


ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

PRGI (RNI) Regd. No. 22972/1972

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ

ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'

ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'

(ਕੁੱਲ ਸਫ਼ੇ 12 Pages 12)

(Sunday, 25 May, 2025) ਪਟਿਆਲਾ ਐਤਵਾਰ, 25 ਮਈ, 2025, 12 ਜੇਠ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57 ਅੰਕ ਨੰਬਰ (Volume No.) 143 ਮੁੱਲ : 2.00 ਰੁਪਏ ਫ਼ੋਨ: +91- 92168-07500 Posted at RMS Patiala www.charhdikala.com E-mail: news@charhdikala.com

## ਪੰਜਾਬ ਦੇ ਸਰਕਾਰੀ ਸਕੂਲਾਂ ਲਈ ਨਵੇਂ ਹੁਕਮ ਜਾਰੀ, ਪੜ੍ਹਾਈ ਜਾਵੇਗੀ ਤੇਲਗੂ

ਚੰਡੀਗੜ੍ਹ, 24 ਮਈ (ਚੜ੍ਹਦੀਕਲਾ ਬਿਊਰੋ) : ਪੰਜਾਬ ਸਰਕਾਰ ਦਾ ਸਿੱਖਿਆ ਵਿਭਾਗ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਤੇਲਗੂ ਭਾਸ਼ਾ ਪੜ੍ਹਾਉਣ ਦੀ ਤਿਆਰੀ ਕਰ ਰਿਹਾ ਹੈ। ਇਹ ਸਿਖਲਾਈ ਸਮਰ ਕੈਂਪ 'ਚ ਦਿੱਤੀ ਜਾਵੇਗੀ। ਇਹ ਸਿੱਖਿਆ ਕੇਂਦਰ ਸਰਕਾਰ ਦੇ ਆਦੇਸ਼ਾਂ 'ਤੇ ਦਿੱਤੀ ਜਾਵੇਗੀ। ਇਸ ਹੁਕਮ ਦੇ ਤਹਿਤ, 26 ਮਈ ਤੋਂ 5 ਜੂਨ, 2025 ਤੱਕ 6ਵੀਂ ਤੋਂ 10ਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਭਾਰਤੀ ਭਾਸ਼ਾ ਸਮਰ ਕੈਂਪ' ਆਯੋਜਿਤ ਕੀਤੇ ਜਾਣਗੇ, (ਬਾਕੀ ਸਫਾ 2 'ਤੇ)

### ਕੈਨੇਡਾ ਦੇ ਪ੍ਰਧਾਨ ਮੰਤਰੀ ਵੱਲੋਂ ਕਾਮਾਗਾਟਾ ਮਾਰੂ ਘਟਨਾ 'ਤੇ ਟਿੱਪਣੀ

## ਅਸੀਂ ਯਕੀਨੀ ਬਣਾਵਾਂਗੇ ਕਿ ਅਜਿਹੀਆਂ ਨਾਇਨਸਾਫ਼ੀਆਂ ਮੁੜ ਨਾ ਹੋਣ: ਕਾਰਨੀ

**ਚੜ੍ਹਦੀਕਲਾ ਬਿਊਰੋ**



ਵਿਨੀਪੈਗ, 24 ਮਈ :ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਕਾਮਾਗਾਟਾ ਮਾਰੂ ਘਟਨਾ 'ਤੇ ਟਿੱਪਣੀ ਕੀਤੀ ਹੈ, ਜਿਸ ਵਿੱਚ 376 ਭਾਰਤੀ ਪਰਵਾਸੀਆਂ ਨੂੰ ਕੈਨੇਡਾ ਵਿੱਚ ਦਾਖਲ ਹੋਣ ਤੋਂ ਰੋਕਿਆ ਗਿਆ ਸੀ। ਉਨ੍ਹਾਂ ਨੇ ਕਿਹਾ, 1914 ਵਿੱਚ, ਕਾਮਾਗਾਟਾ ਮਾਰੂ ਸਟੀਮ ਸ਼ਿਪ ਨੇ ਪ੍ਰਸ਼ਾਂਤ ਮਹਾਂਸਾਗਰ ਵਿੱਚ ਲੰਬੀ ਯਾਤਰਾ ਤੋਂ ਬਾਅਦ ਵੈਨਕੂਵਰ ਦੀ ਬੰਦਰਗਾਹ ਵਿੱਚ ਲੰਗਰ ਲਾਇਆ ਗਿਆ ਸੀ। ਜਹਾਜ਼ ਵਿਚ ਸਵਾਰ 376 ਸਿੱਖ, ਮੁਸਲਿਮ ਅਤੇ ਹਿੰਦੂ ਧਰਮਾਂ ਦੇ ਲੋਕ ਸ਼ਰਨ ਅਤੇ ਸਨਮਾਨ ਦੀ ਮੰਗ ਕਰਦੇ ਹੋਏ ਪਹੁੰਚੇ ਸਨ।"

ਕਾਰਨੀ ਨੇ ਕਾਮਾਗਾਟਾ ਮਾਰੂ ਘਟਨਾ ਦੀ ਯਾਦ ਵਿੱਚ ਸੋਸ਼ਲ ਮੀਡੀਆ ਪਲੇਟਫਾਰਮ ਐਕਸ ਉਤੇ ਜਾਰੀ ਇੱਕ ਬਿਆਨ ਵਿੱਚ ਕਿਹਾ ਕਿ ਹਾਲਾਂਕਿ, ਕੈਨੇਡੀਅਨ ਅਧਿਕਾਰੀਆਂ ਨੇ ਵਿਦੇਸ਼ੀਆਂ ਸਬੰਧੀ ਅਤੇ ਪੱਖਪਾਤੀ ਕਾਨੂੰਨਾਂ ਦੀ ਵਰਤੋਂ ਕਰਦਿਆਂ ਉਨ੍ਹਾਂ ਨੂੰ ਦਾਖਲ ਹੋਣ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਯਾਤਰੀਆਂ ਦੇ ਦੁੱਖ ਨੂੰ ਯਾਦ ਕਰਦਿਆਂ ਕਾਰਨੀ ਨੇ ਕਿਹਾ ਕਿ ਯਾਤਰੀਆਂ ਨੂੰ ਦੋ ਮਹੀਨਿਆਂ ਲਈ ਜਹਾਜ਼ ਵਿੱਚ ਕੈਦ ਰੱਖਿਆ ਗਿਆ ਸੀ ਅਤੇ ਉਨ੍ਹਾਂ ਨੂੰ ਖਾਣਾ, ਪਾਣੀ ਅਤੇ ਡਾਕਟਰੀ ਸਹੂਲਤਾਂ ਦੇਣ ਤੋਂ ਇਨਕਾਰ ਕੀਤਾ ਗਿਆ ਸੀ। ਉਨ੍ਹਾਂ ਕਿਹਾ, ਜਦੋਂ ਉਨ੍ਹਾਂ ਨੂੰ ਭਾਰਤ ਵਾਪਸ ਜਾਣ ਲਈ ਮਜਬੂਰ ਕੀਤਾ ਗਿਆ ਤਾਂ ਉਨ੍ਹਾਂ ਵਿੱਚੋਂ ਬਹੁਤਿਆਂ ਨੂੰ ਜਾਂ ਤਾਂ ਜੇਲ੍ਹ ਭੇਜ ਦਿੱਤਾ ਗਿਆ ਜਾਂ ਮਾਰ ਦਿੱਤਾ ਗਿਆ। ਕੈਨੇਡੀਅਨ ਪ੍ਰਧਾਨ ਮੰਤਰੀ ਨੇ ਕਿਹਾ, ਕਾਮਾਗਾਟਾ ਮਾਰੂ ਦੁਖਾਂਤ ਇਸ ਗੱਲ ਦੀ ਸਪਸ਼ਟ ਯਾਦ ਦਿਵਾਉਂਦਾ ਹੈ ਕਿ ਸਾਡੇ ਇਤਿਹਾਸ ਦੇ ਕੁਝ ਖ਼ਾਸ ਪਲਾਂ 'ਤੇ ਕੈਨੇਡਾ ਉਨ੍ਹਾਂ ਕਦਰਾਂ-ਕੀਮਤਾਂ ਤੋਂ ਕਿਵੇਂ ਵਾਂਝਾ ਰਹਿ ਗਿਆ। ਕਾਰਨੀ ਨੇ ਕਿਹਾ, ਅਸੀਂ ਅਤੀਤ ਨੂੰ ਦੁਬਾਰਾ ਨਹੀਂ ਲਿਖ ਸਕਦੇ ਪਰ ਸਾਨੂੰ ਇਸ ਦਾ ਸਾਹਮਣਾ ਕਰਨਾ ਹੋਵੇਗਾ। ਸਾਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਇਸ ਤਰ੍ਹਾਂ ਦੀਆਂ ਬੇਇਨਸਾਫ਼ੀਆਂ ਕਦੇ ਨਾ ਦੁਹਰਾਈਆਂ ਜਾਣ। ਉਨ੍ਹਾਂ ਕਿਹਾ, ਆਓ ਅਸੀਂ ਇੱਕ ਅਜਿਹਾ ਭਵਿੱਖ ਬਣਾਈਏ ਜਿੱਥੇ ਸ਼ਮੂਲੀਅਤ ਇਕ ਨਾਅਰਾ ਨਾ ਹੋ ਕੇ ਇੱਕ ਹਕੀਕਤ ਬਣ ਜਾਵੇ। ਗ਼ੌਰਤਲਬ ਹੈ ਕਿ ਇਸ ਦੌਰਾਨ (ਬਾਕੀ ਸਫਾ 2 'ਤੇ)

### ਨੀਤੀ ਆਯੋਗ ਦੀ ਮੀਟਿੰਗ 'ਚ ਮੁੱਖ ਮੰਤਰੀ ਨੇ ਆਵਾਜ਼ ਕੀਤੀ ਬੁਲੰਦ

## ਪੰਜਾਬ ਨਾਲ ਬੇਇਨਸਾਫ਼ੀ ਬੰਦ ਕਰੋ: ਮਾਨ



**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 24 ਮਈ :ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਕੀਤੇ ਜਾ ਰਹੇ ਮਤਰੇਈ ਮਾਂ ਵਾਲੇ ਸਲੂਕ ਨਾਲ ਸਬੰਧਤ ਮੁੱਦਿਆਂ ਨੂੰ ਉਭਾਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਸੂਬੇ ਨਾਲ ਇਸ ਤਰ੍ਹਾਂ ਦਾ ਪੱਖਪਾਤੀ ਅਤੇ ਵਿਤਕਰੇ ਵਾਲਾ ਸਲੂਕ ਗੈਰ-ਵਾਜਬ ਹੈ।

ਇੱਥੇ ਨੀਤੀ ਆਯੋਗ ਦੀ 10ਵੀਂ ਗਵਰਨਿੰਗ ਕੌਂਸਲ ਦੀ ਮੀਟਿੰਗ ਵਿੱਚ ਹਿੱਸਾ ਲੈਂਦਿਆਂ ਮੁੱਖ ਮੰਤਰੀ ਨੇ ਸੂਬੇ ਨਾਲ ਸਬੰਧਤ ਮਹੱਤਵਪੂਰਨ ਮੁੱਦੇ ਉਠਾਏ ਅਤੇ ਦੁਹਰਾਇਆ ਕਿ ਪੰਜਾਬ ਕੋਲ ਕਿਸੇ ਵੀ ਸੂਬੇ ਲਈ ਵਾਧੂ ਪਾਣੀ ਨਹੀਂ ਹੈ। ਸੂਬੇ ਵਿੱਚ ਪਾਣੀ ਦੀ ਗੰਭੀਰ ਸਥਿਤੀ ਦੇ ਮੱਦੇਨਜ਼ਰ ਸਤਲੁਜ-ਯਮੁਨਾ ਲਿੰਕ (ਐਸ.ਵਾਈ.ਐਲ.) ਨਹਿਰ ਦੀ ਬਜਾਏ ਯਮੁਨਾ-ਸਤਲੁਜ-ਲਿੰਕ (ਵਾਈ.ਐਸ.ਐਲ.) ਨਹਿਰ ਦੀ ਉਸਾਰੀ ਦੇ ਵਿਚਾਰ ਉਤੇ ਜ਼ੋਰ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਾਵੀ, ਬਿਆਸ ਤੇ ਸਤਲੁਜ ਨਹਿਰਾਂ ਵਿੱਚ ਪਹਿਲਾਂ ਹੀ ਪਾਣੀ ਘੱਟ ਹੈ ਅਤੇ ਵਾਧੂ ਪਾਣੀ ਨੂੰ ਘਾਟ ਵਾਲੇ ਬੇਸਿਨਾਂ ਵੱਲ ਮੋੜਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੇ ਵਾਰ-ਵਾਰ ਯਮੁਨਾ ਦੇ ਪਾਣੀਆਂ ਦੀ ਵੰਡ ਲਈ ਗੱਲਬਾਤ ਵਿੱਚ ਸ਼ਾਮਲ ਹੋਣ ਦੀ ਬੇਨਤੀ ਕੀਤੀ ਹੈ ਕਿਉਂਕਿ ਯਮੁਨਾ-ਸਤਲੁਜ-ਲਿੰਕ ਪ੍ਰਾਜੈਕਟ ਲਈ ਇੱਕ ਸਮਝੌਤਾ 12 ਮਾਰਚ, 1954 (ਬਾਕੀ ਸਫਾ 2 'ਤੇ)

## ਕੇਂਦਰ ਅਤੇ ਸੂਬੇ ਮਿਲ ਕੇ ਕੰਮ ਕਰਨ ਤਾਂ ਕੋਈ ਵੀ ਟੀਚਾ ਔਖਾ ਨਹੀਂ: ਮੋਦੀ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 24 ਮਈ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਨੀਵਾਰ ਨੂੰ ਕਿਹਾ ਕਿ ਜੇਕਰ ਕੇਂਦਰ ਸਰਕਾਰ ਅਤੇ ਰਾਜ ਟੀਮ ਇੰਡੀਆ ਵਾਂਗ ਮਿਲ ਕੇ ਕੰਮ ਕਰਨ ਤਾਂ ਕੋਈ ਵੀ ਟੀਚਾ ਅਸੰਭਵ ਨਹੀਂ ਹੈ। ਮੋਦੀ ਨੇ ਨੀਤੀ ਆਯੋਗ ਦੀ 10ਵੀਂ ਗਵਰਨਿੰਗ ਕੌਂਸਲ ਮੀਟਿੰਗ ਵਿੱਚ ਕਿਹਾ ਕਿ ਵਿਕਾਸ ਦੀ ਗਤੀ ਵਧਾਉਣ ਦੀ ਲੋੜ ਹੈ।

ਨੀਤੀ ਆਯੋਗ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਪ੍ਰਧਾਨ ਮੰਤਰੀ ਦੇ ਹਵਾਲੇ ਨਾਲ ਕਿਹਾ, 'ਸਾਨੂੰ ਵਿਕਾਸ ਦੀ ਗਤੀ ਵਧਾਉਣੀ ਪਵੇਗੀ। ਜੇਕਰ ਕੇਂਦਰ ਅਤੇ ਸਾਰੇ ਰਾਜ ਟੀਮ ਇੰਡੀਆ ਵਾਂਗ ਮਿਲ ਕੇ ਕੰਮ ਕਰਦੇ ਹਨ, ਤਾਂ ਕੋਈ ਵੀ ਟੀਚਾ ਅਸੰਭਵ ਨਹੀਂ ਹੈ।' ਨੀਤੀ ਆਯੋਗ ਦੀ ਸਿਖਰਲੀ ਸੰਸਥਾ, ਗਵਰਨਿੰਗ ਕੌਂਸਲ ਦੀ ਮੀਟਿੰਗ ਦਾ ਵਿਸ਼ਾ '2047 ਵਿੱਚ ਵਿਕਸਤ ਭਾਰਤ ਲਈ ਵਿਕਸਤ ਰਾਜ' ਹੈ। ਮੋਦੀ ਨੇ ਕਿਹਾ, 'ਵਿਕਸਤ ਭਾਰਤ ਹਰ ਭਾਰਤੀ ਦਾ ਟੀਚਾ ਹੈ।' ਜਦੋਂ ਹਰ ਰਾਜ ਦਾ ਵਿਕਾਸ ਹੋਵੇਗਾ, ਤਾਂ ਭਾਰਤ ਦਾ ਵਿਕਾਸ ਹੋਵੇਗਾ। ਇਹ ਇਸ ਦੇ 140 ਕਰੋੜ ਨਾਗਰਿਕਾਂ ਦੀ ਇੱਛਾ ਹੈ।' ਉਨ੍ਹਾਂ ਇਹ ਵੀ ਕਿਹਾ, 'ਰਾਜਾਂ ਨੂੰ ਆਪਣੇ-ਆਪਣੇ ਰਾਜਾਂ ਵਿੱਚ ਘੱਟੋ-ਘੱਟ ਇੱਕ ਸੈਰ-ਸਪਾਟਾ ਸਥਾਨ ਵਿਸ਼ਵ ਪੱਧਰੀ ਮਾਪਦੰਡਾਂ ਅਨੁਸਾਰ ਸਾਰੀਆਂ ਸਹੂਲਤਾਂ ਅਤੇ ਬੁਨਿਆਦੀ ਢਾਂਚੇ ਦੇ ਨਾਲ ਵਿਕਸਤ ਕਰਨਾ ਚਾਹੀਦਾ ਹੈ।' ਪ੍ਰਧਾਨ ਮੰਤਰੀ ਨੇ ਕਿਹਾ, ਸਾਨੂੰ 'ਇੱਕ ਰਾਜ: ਇੱਕ ਗਲੋਬਲ ਮੰਜ਼ਿਲ' ਦੇ ਟੀਚੇ ਨਾਲ ਅੱਗੇ ਵਧਣਾ ਚਾਹੀਦਾ ਹੈ। ਇਸ ਨਾਲ ਨੇੜਲੇ ਸ਼ਹਿਰਾਂ ਨੂੰ ਸੈਰ-ਸਪਾਟਾ ਸਥਾਨਾਂ ਵਜੋਂ

## ਵਿਧਾਇਕ ਰਮਨ ਅਰੋੜਾ ਦਾ ਵਿਜੀਲੈਂਸ ਨੂੰ ਮਿਲਿਆ 5 ਦਿਨ ਦਾ ਰਿਮਾਂਡ

ਜਲੰਧਰ, 24 ਮਈ (ਚੜ੍ਹਦੀਕਲਾ ਬਿਊਰੋ) : ਜਲੰਧਰ ਸੈਂਟਰਲ ਤੋਂ ਵਿਧਾਇਕ ਰਮਨ ਅਰੋੜਾ ਨੂੰ ਅੱਜ ਦੁਪਹਿਰ ਵਿਜੀਲੈਂਸ ਟੀਮ ਵੱਲੋਂ ਕੋਰਟ ਵਿਚ ਪੇਸ਼ ਕੀਤਾ ਗਿਆ। ਕੋਰਟ ਵਿਚ ਪੇਸ਼ ਕਰਕੇ ਰਮਨ ਅਰੋੜਾ ਦਾ ਪੰਜ ਦਿਨ ਦਾ ਪੁਲਿਸ ਰਿਮਾਂਡ ਹਾਸਲ ਹੋਇਆ ਹੈ ਹਾਲਾਂਕਿ ਅਧਿਕਾਰੀਆਂ ਨੇ ਕੋਰਟ ਤੋਂ 10 ਦਿਨ ਦਾ ਪੁਲਿਸ ਰਿਮਾਂਡ ਮੰਗਿਆ ਸੀ। ਅਰੋੜਾ ਨੂੰ ਸਵੇਰੇ 11 ਵਜੇ ਪੇਸ਼ ਕੀਤੇ ਜਾਣਾ ਸੀ ਪਰ ਅਜਿਹਾ ਨਹੀਂ ਹੋ ਸਕਿਆ। ਉਨ੍ਹਾਂ ਦੁਪਹਿਰ ਲਗਭਗ 3 ਵਜੇ ਕੋਰਟ ਵਿਚ ਪੇਸ਼ ਕੀਤਾ ਗਿਆ। ਹਾਲਾਂਕਿ ਅਜੇ ਇਹ ਸਪੱਸ਼ਟ ਨਹੀਂ ਹੋਇਆ ਕਿ ਅਰੋੜਾ ਤੋਂ ਮੋਹਾਲੀ ਵਿਚ ਪੁੱਛ-ਗਿਛ ਹੋਵੇਗੀ ਜਾਂ ਫਿਰ ਜਲੰਧਰ ਵਿਚ। ਦੱਸ ਦੇਈਏ ਕਿ ਵਿਜੀਲੈਂਸ ਨੇ ਬੀਤੇ ਦਿਨੀਂ ਰਮਨ ਅਰੋੜਾ ਦੇ ਅਸ਼ੋਕ ਨਗਰ ਸਥਿਤ ਘਰ 'ਤੇ ਰੇਡ ਮਾਰੀ ਸੀ। ਅੱਜ ਫਿਰ ਤੋਂ ਵਿਜੀਲੈਂਸ ਦੀ ਇਕ ਟੀਮ ਸਰਚ ਲਈ ਵਿਧਾਇਕ (ਬਾਕੀ ਸਫਾ 2 'ਤੇ)

## ਕਿਸੇ ਵੀ ਅਦਾਲਤ ਨੂੰ 'ਹੇਠਲੀ' ਕਹਿਣਾ ਸੰਵਿਧਾਨਕ ਕਦਰਾਂ-ਕੀਮਤਾਂ ਦੇ ਵਿਰੁਧ: ਸੁਪਰੀਮ ਕੋਰਟ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 24 ਮਈ :ਸੁਪਰੀਮ ਕੋਰਟ ਨੇ ਕਿਹਾ ਕਿ ਕਿਸੇ ਵੀ ਅਦਾਲਤ ਨੂੰ 'ਹੇਠਲੀ' ਅਦਾਲਤ ਦਸਣਾ ਸੰਵਿਧਾਨਕ ਸਿਧਾਂਤਾਂ ਦੇ ਵਿਰੁਧ ਹੈ। ਜਸਟਿਸ ਅਭੈ ਐਸ. ਓਕਾ ਅਤੇ ਜਸਟਿਸ ਅਗਸਟੀਨ ਜਾਰਜ ਮਸੀਹ ਨੇ 1981 ਦੇ ਕਤਲ ਕੇਸ 'ਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਦੋ ਮੁਲਜ਼ਮਾਂ ਨੂੰ ਬਰੀ ਕਰਦੇ ਹੋਏ ਇਹ ਟਿਪਣੀ ਕੀਤੀ।

ਬੈਂਚ ਲਈ ਫੈਸਲਾ ਲਿਖਣ ਵਾਲੇ ਜਸਟਿਸ ਓਕਾ ਨੇ ਕਿਹਾ, "ਫੈਸਲਾ ਸੁਣਾਉਣ ਤੋਂ ਪਹਿਲਾਂ ਅਸੀਂ 8 ਫ਼ਰਵਰੀ, 2024 ਦੇ ਹੁਕਮ 'ਚ ਜਾਰੀ ਹੁਕਮ ਨੂੰ ਦੁਹਰਾਉਂਦੇ ਹਾਂ ਕਿ ਟਰਾਇਲ ਅਦਾਲਤ ਦੇ ਰਿਕਾਰਡ ਨੂੰ 'ਹੇਠਲੀ ਅਦਾਲਤ ਦਾ ਰਿਕਾਰਡ' ਨਹੀਂ ਕਿਹਾ ਜਾਣਾ ਚਾਹੀਦਾ। ਕਿਸੇ ਵੀ ਅਦਾਲਤ ਨੂੰ ਹੇਠਲੀ ਅਦਾਲਤ ਦਸਣਾ ਸਾਡੇ ਸੰਵਿਧਾਨ ਦੇ ਸਿਧਾਂਤਾਂ ਦੇ ਵਿਰੁਧ ਹੈ।" ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦੀ ਰਜਿਸਟਰੀ ਨੇ ਇਸ ਹੁਕਮ ਨੂੰ ਲਾਗੂ ਕਰਨ ਲਈ ਪਿਛਲੇ ਸਾਲ ਫ਼ਰਵਰੀ 'ਚ ਇਕ ਸਰਕੂਲਰ ਜਾਰੀ ਕੀਤਾ ਸੀ।

### ਭਾਰਤ ਨੇ ਗੁਆਂਢੀ ਦੇਸ਼ ਦਾ ਕੀਤਾ ਪਰਦਾਫਾਸ਼

## 'ਤਿੰਨ ਜੰਗਾਂ ਛੇੜ ਕੇ ਪਾਕਿ ਕਰ ਚੁੱਕੈ ਸਿੰਧੂ ਜਲ ਸੰਧੀ ਦੀ ਉਲੰਘਣਾ'

**ਚੜ੍ਹਦੀਕਲਾ ਬਿਊਰੋ**



ਸੰਯੁਕਤ ਰਾਸ਼ਟਰ, 24 ਮਈ : ਭਾਰਤ ਨੇ ਸਿੰਧੂ ਜਲ ਸੰਧੀ 'ਤੇ ਸੰਯੁਕਤ ਰਾਸ਼ਟਰ ਵਿੱਚ ਪਾਕਿਸਤਾਨ ਦੇ ਪ੍ਰਚਾਰ ਦਾ ਪਰਦਾਫਾਸ਼ ਕੀਤਾ ਹੈ ਅਤੇ ਕਿਹਾ ਹੈ ਕਿ ਪਾਕਿਸਤਾਨ ਨੇ ਤਿੰਨ ਯੁੱਧ ਛੇੜ ਕੇ ਅਤੇ ਭਾਰਤ 'ਤੇ ਹਜ਼ਾਰਾਂ ਅੱਤਵਾਦੀ ਹਮਲੇ ਕਰਕੇ ਇਸ ਸੰਧੀ ਦੇ ਸਮਝੌਤੇ ਦੀ ਉਲੰਘਣਾ ਕੀਤੀ ਹੈ। ਸੰਯੁਕਤ ਰਾਸ਼ਟਰ ਵਿੱਚ ਭਾਰਤ ਦੇ ਸਥਾਈ ਪ੍ਰਤੀਨਿਧੀ ਰਾਜਦੂਤ ਪਾਰਵਥਨੇਨੀ ਹਰੀਸ਼ ਨੇ ਕਿਹਾ, 'ਅਸੀਂ ਸਿੰਧੂ ਜਲ ਸੰਧੀ ਬਾਰੇ ਪਾਕਿਸਤਾਨ ਦੇ ਵਫ਼ਦ ਵੱਲੋਂ ਫੈਲਾਈ ਜਾ ਰਹੀ ਗਲਤ ਜਾਣਕਾਰੀ ਦਾ ਜਵਾਬ ਦੇਣ ਲਈ ਮਜਬੂਰ ਹਾਂ। ਭਾਰਤ ਨਦੀ ਦੇ ਉੱਪਰੀ ਤੱਟ 'ਤੇ ਸਥਿਤ ਦੇਸ਼ ਹੋਣ ਦੇ ਨਾਤੇ ਹਮੇਸ਼ਾ ਜ਼ਿੰਮੇਵਾਰੀ ਨਾਲ ਕੰਮ ਕਰਦਾ ਰਿਹਾ ਹੈ।' ਹਰੀਸ਼ ਨੇ ਸਲੋਵੇਨੀਆ ਦੇ ਸਥਾਈ ਮਿਸ਼ਨ ਦੁਆਰਾ ਆਯੋਜਿਤ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਇਹ ਟਿੱਪਣੀਆਂ ਕੀਤੀਆਂ। ਮੀਟਿੰਗ ਦਾ ਵਿਸ਼ਾ 'ਹਥਿਆਰਬੰਦ ਟਕਰਾਅ ਵਿੱਚ ਪਾਣੀ ਦੀ ਸੁਰੱਖਿਆ-ਨਾਗਰਿਕ ਜੀਵਨ ਦੀ ਸੁਰੱਖਿਆ' ਸੀ। ਹਰੀਸ਼ ਨੇ ਪਾਕਿਸਤਾਨ ਵੱਲੋਂ ਕੀਤੇ ਜਾ ਰਹੇ ਪ੍ਰਚਾਰ ਦਾ ਪਰਦਾਫਾਸ਼ ਕਰਨ ਲਈ ਚਾਰ ਪਹਿਲੂਆਂ ਨੂੰ ਉਜਾਗਰ ਕੀਤਾ। 22 ਅਪ੍ਰੈਲ ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਭਿਆਨਕ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਨੇ ਫੈਸਲਾ ਕੀਤਾ ਸੀ ਕਿ 1960 ਦੀ ਸਿੰਧੂ ਜਲ ਸੰਧੀ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਜਾਵੇਗਾ। ਇਸ ਅੱਤਵਾਦੀ ਹਮਲੇ ਵਿੱਚ 26 ਲੋਕ ਮਾਰੇ ਗਏ ਸਨ। ਹਰੀਸ਼ ਨੇ ਸੰਯੁਕਤ ਰਾਸ਼ਟਰ ਦੀ ਮੀਟਿੰਗ ਵਿੱਚ ਕਿਹਾ ਕਿ ਭਾਰਤ ਨੇ 65 ਸਾਲ ਪਹਿਲਾਂ ਇਮਾਨਦਾਰੀ ਨਾਲ ਸਿੰਧੂ ਜਲ ਸੰਧੀ 'ਤੇ ਦਸਤਖਤ ਕੀਤੇ ਸਨ।

ਉਨ੍ਹਾਂ ਕਿਹਾ ਕਿ ਸੰਧੀ ਦੀ ਪ੍ਰਸਤਾਵਨਾ ਵਿੱਚ ਕਿਹਾ ਗਿਆ ਹੈ ਕਿ ਇਹ 'ਸਦਭਾਵਨਾ ਅਤੇ ਦੋਸਤੀ ਦੀ ਭਾਵਨਾ ਨਾਲ' ਕੀਤੀ ਗਈ ਸੀ। ਹਰੀਸ਼ ਨੇ ਕਿਹਾ ਕਿ ਇਨ੍ਹਾਂ ਸਾਢੇ ਛੇ ਦਹਾਕਿਆਂ ਦੌਰਾਨ, 'ਪਾਕਿਸਤਾਨ ਨੇ ਤਿੰਨ ਯੁੱਧ ਛੇੜ ਕੇ ਅਤੇ ਭਾਰਤ 'ਤੇ ਹਜ਼ਾਰਾਂ ਅੱਤਵਾਦੀ ਹਮਲੇ ਕਰਕੇ ਸੰਧੀ ਦੀ ਭਾਵਨਾ ਦੀ ਉਲੰਘਣਾ ਕੀਤੀ ਹੈ।' ਭਾਰਤੀ ਰਾਜਦੂਤ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਿਛਲੇ ਚਾਰ ਦਹਾਕਿਆਂ ਵਿੱਚ 20,000 ਤੋਂ ਵੱਧ ਭਾਰਤੀਆਂ ਨੇ ਅੱਤਵਾਦੀ ਹਮਲਿਆਂ ਵਿੱਚ ਆਪਣੀਆਂ ਜਾਨਾਂ ਗੁਆ ਦਿੱਤੀਆਂ ਹਨ, ਜਿਨ੍ਹਾਂ ਵਿੱਚੋਂ ਸਭ ਤੋਂ ਤਾਜ਼ਾ ਪਹਿਲਗਾਮ (ਬਾਕੀ ਸਫਾ 2 'ਤੇ)

## ਧਰਮ ਪਰਿਵਰਤਨ ਨੂੰ ਰੋਕਣ ਲਈ ਦਸਵੰਧ ਕੱਢੇ ਹਰ ਸਿੱਖ: ਜਥੇ. ਕੁਲਦੀਪ ਸਿੰਘ ਗੜਗੱਜ

**ਚੜ੍ਹਦੀਕਲਾ ਬਿਊਰੋ**



ਸੰਗਰੂਰ, 24 ਮਈ :ਸਿਰਫ਼ ਪੰਜਾਬ ਹੀ ਨਹੀਂ ਸਗੋਂ ਹੋਰਨਾਂ ਸੂਬਿਆਂ ਵਿੱਚ ਵੀ ਜਬਰੀ ਧਰਮ ਪਰਿਵਰਤਨ ਜ਼ੋਰ ਫੜ ਰਿਹਾ ਹੈ , ਜਿਸ ਨੂੰ ਲੈ ਕੇ ਸਿੱਖ ਕੌਮ ਦੇ ਜਥੇਦਾਰ ਅਤੇ ਧਰਮ ਪ੍ਰਚਾਰਕ ਧਰਮ ਪਰਿਵਰਤਨ ਨੂੰ ਰੋਕਣ ਦੇ ਲਈ ਉਪਰਾਲੇ ਕਰਦੇ ਹੋਏ ਵੀ ਨਜ਼ਰ ਆ ਰਹੇ ਹਨ । ਅਜਿਹੇ ਦੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਧਰਮ ਪਰਿਵਰਤਨ ਨੂੰ ਰੋਕਣ ਦੇ ਲਈ ਦਸਵੰਧ ਦੀ ਸਹੀ ਵਰਤੋਂ ਨੂੰ ਹੀ ਕਾਰਗਰ ਦੱਸਿਆ । ਸੰਗਰੂਰ ਦੇ ਵਿੱਚ ਇਕ ਧਾਰਮਿਕ ਸਮਾਗਮ ਦੌਰਾਨ ਸੰਗਤ ਨੂੰ ਸੰਬੋਧਨ ਕਰਦੇ ਹੋਏ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਕੌਮ ਨੂੰ ਆਪਣੀ ਨੇਕ ਕਮਾਈ ਵਿੱਚੋਂ ਦਸਵੰਧ ਕੱਢਣ ਅਤੇ ਉਸ ਦਸਵੰਧ ਨੂੰ ਗਰੀਬਾਂ ਦੀ ਭਲਾਈ ਲਈ ਵਰਤਣ ਦੀ ਅਪੀਲ ਕੀਤੀ । ਦੱਸ ਦੇਈਏ ਕਿ ਜਬਰੀ ਧਰਮ ਪਰਿਵਰਤਨ ਦਾ ਮੁੱਦਾ ਪੰਜਾਬ ਸਣੇ ਹੋਰਨਾਂ ਸੂਬਿਆਂ ਵਿੱਚ ਪੈਰ ਪਸਾਰ ਰਿਹਾ ਹੈ, ਈਸਾਈ ਧਰਮ ਨਾਲ ਜੁੜੇ ਕੁਝ ਲੋਕ ਸਿੱਖਾਂ ਅਤੇ ਹੋਰਾਂ ਧਰਮਾਂ ਦੇ ਲੋਕਾਂ ਨੂੰ ਕਈ ਤਰ੍ਹਾਂ ਦੇ ਲਾਲਚ ਦੇ ਕੇ ਜ਼ਬਰੀ ਧਰਮ ਬਦਲਵਾ ਰਹੇ ਹਨ। ਅਜਿਹਾ ਇੱਕ ਮਾਮਲਾ ਉਤਰਪ੍ਰਦੇਸ਼ ਦੇ ਪੀਲੀਭੀਤ ਤੋਂ ਆਇਆ ਹੈ, ਜਿਥੇ ਨੇਪਾਲ ਦੇ ਬਾਰਡਰ ਨਜ਼ਦੀਕ ਰਹਿਣ ਵਾਲੇ ਤਕਰੀਬਨ 3000 ਸਿੱਖਾਂ ਦਾ ਜ਼ਬਰੀ ਧਰਮ ਪਰਿਵਰਤਨ ਕਰਵਾ ਦਿੱਤਾ ਗਿਆ । ਹਾਲਾਂਕਿ ਇਹ ਮਾਮਲਾ ਜਿਥੇ ਧਾਰਮਿਕ ਗਲਿਆਰਿਆਂ ਦੇ (ਬਾਕੀ ਸਫਾ 2 'ਤੇ)

## ਸੁਖਬੀਰ ਸਿੰਘ ਬਾਦਲ ਨਾਲ ਸਮਝੌਤਾ ਖ਼ੁਦਕਸ਼ੀ ਦੇ ਬਰਾਬਰ: ਗਿ. ਹਰਪ੍ਰੀਤ ਸਿੰਘ



**ਹਰਪ੍ਰੀਤ ਕੌਰ ਟਿਵਾਣਾ**

ਫ਼ਤਹਿਗੜ੍ਹ ਸਾਹਿਬ, 24 ਮਈ :ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਅੱਜ ਇਥੇ ਪੰਜ ਮੈਂਬਰੀ ਭਰਤੀ ਕਮੇਟੀ ਵਲੋਂ ਕੀਤੀ ਪ੍ਰਭਾਵਸ਼ਾਲੀ ਕਾਨਫਰੰਸ ਨੂੰ ਸੰਬੋਧਨ ਕਰਦਿਆ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਤਿੱਖੇ ਨਿਸ਼ਾਨੇ ਲਗਾਉਂਦਿਆਂ ਕਿਹਾ ਕਿ ਇਕ ਬੰਦੇ ਦੀ ਸਿਆਸਤ ਬਚਾਉਂਣ ਲਈ ਅੱਜ ਤਖਤ ਸਾਹਿਬਾਨ ਵਿਚਕਾਰ ਲੜਾਈਆਂ ਸ਼ੁਰੂ ਹੋ ਗਈਆਂ। ਉਨ੍ਹਾਂ ਕਿਹਾ ਕਿ ਲੰਮਾਂ ਸਮਾਂ ਸੰਤਾਪ ਭੋਗਣ ਤੋਂ ਬਾਅਦ ਪੰਜਾਬ ਦੇ ਲੋਕਾਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸੱਤਾ ਵਿਚ ਲਿਆਂਦੀ ਲੇਕਿਨ ਉਨ੍ਹਾਂ ਜ਼ਖ਼ਮਾਂ 'ਤੇ ਮਲ੍ਹਮ ਦੀ ਥਾਂ ਜ਼ਖ਼ਮਾਂ ਨੂੰ ਹੋਰ ਵਲੂੰਧਰਿਆਂ। ਉਨ੍ਹਾਂ ਕਿਹਾ ਕਿ ਅੱਜ ਇਹ ਆਗੂ ਜੇਲ੍ਹਾਂ ਵਿਚ ਬੰਦੀ ਸਿੰਘਾਂ ਦੀ ਰਿਹਾਈ ਅਤੇ ਪੰਜਾਬ ਦੇ ਪਾਣੀਆਂ ਦੀ ਗੱਲ ਕਰ (ਬਾਕੀ ਸਫਾ 2 'ਤੇ)

## ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਪੰਜ ਪਿਆਰਿਆਂ ਵੱਲੋਂ ਕੀਤੇ ਆਦੇਸ਼ ਦੇ ਮਾਮਲੇ 'ਚ ਸ਼੍ਰੋਮਣੀ ਕਮੇਟੀ ਵਫ਼ਦ ਜਾਵੇਗਾ

ਅੰਮ੍ਰਿਤਸਰ, 24 ਮਈ (ਗੁਰਦਿਆਲ ਸਿੰਘ) : ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਬੀਤੇ ਦਿਨੀਂ ਪੰਜ ਸਿੰਘ ਸਾਹਿਬਾਨ ਦੀ ਹੋਈ ਇਕੱਤਰਤਾ ਤੋਂ ਬਾਅਦ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਪੰਜ ਪਿਆਰਿਆਂ ਵੱਲੋਂ ਕੀਤੇ ਆਦੇਸ਼ ਦੇ ਮਾਮਲੇ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਜਾ ਕੇ ਗੱਲਬਾਤ ਕਰਨ ਲਈ ਇਕ ਵਫ਼ਦ ਦਾ ਗਠਨ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਗਠਤ ਕੀਤੇ ਗਏ ਇਸ ਵਫ਼ਦ ਵਿਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਗੁਰਬਚਨ ਸਿੰਘ ਕਰਮੂੰਵਾਲਾ ਨੂੰ ਸ਼ਾਮਲ ਕੀਤਾ ਗਿਆ ਹੈ। ਇਸ ਦੇ (ਬਾਕੀ ਸਫਾ 2 'ਤੇ)

## ਕੌਮੀ ਲੋਕ ਅਦਾਲਤਾਂ ਦੌਰਾਨ ਪੰਜਾਬ ਵਿੱਚ 481324 ਕੇਸਾਂ ਦਾ ਨਿਪਟਾਰਾ



**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 24 ਮਈ : ਜਸਟਿਸ ਦੀਪਕ ਸਿੱਬਲ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਯੋਗ ਅਗਵਾਈ ਹੇਠ ਸਟੇਟ ਅਥਾਰਟੀ ਵੱਲੋਂ 24.05.2025 ਨੂੰ ਰਾਜ ਭਰ ਵਿੱਚ ਕੌਮੀ ਲੋਕ ਅਦਾਲਤ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਰਾਜ ਦੇ ਸਾਰੇ ਜ਼ਿਲ੍ਹਿਆਂ ਅਤੇ ਸਬ-ਡਵੀਜ਼ਨਾਂ ਵਿੱਚ ਕੁੱਲ 442 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ, ਜਿਸ ਵਿੱਚ ਕੁੱਲ 5,40,873 ਕੇਸ ਲਗਾਏ ਗਏ ਜਿਨ੍ਹਾਂ ਵਿੱਚੋਂ ਕੁੱਲ 481324 ਕੇਸਾਂ ਦਾ ਨਿਪਟਾਰਾ ਮੌਕੇ 'ਤੇ ਕੀਤਾ ਗਿਆ ਅਤੇ ਕੁੱਲ 442 ਕਰੋੜ ਰੁਪਏ ਦੇ ਅਵਾਰਡ ਨਿਪਟਾਰੇ ਦੀ ਰਕਮ ਵਜੋਂ ਪਾਸ ਕੀਤੇ ਗਏ। (ਬਾਕੀ ਸਫਾ 2 'ਤੇ)

## ਫੁੱਲਾਂ ਨਾਲ ਸਜਿਆ ਸ੍ਰੀ ਹੇਮਕੁੰਟ ਸਾਹਿਬ, ਅੱਜ ਖੁੱਲ੍ਹਣਗੇ ਕਿਵਾੜ

**ਚੜ੍ਹਦੀਕਲਾ ਬਿਊਰੋ**

ਗੋਬਿੰਦਘਾਟ, 24 ਮਈ :ਉੱਤਰਾਖੰਡ ਵਿਖੇ 15 ਹਜ਼ਾਰ ਫੁੱਟ ਦੀ ਉਚਾਈ 'ਤੇ ਸਥਾਪਤ ਪ੍ਰਸਿੱਧ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਸ਼ੁਰੂ ਹੋ ਗਈ ਹੈ। ਭਲਕੇ ਅਰਦਾਸ ਮਗਰੋਂ ਗੁਰਦੁਆਰਾ ਸਾਹਿਬ ਦੇ ਕਪਾਟ ਖੋਲ੍ਹ ਦਿੱਤੇ ਜਾਣਗੇ। ਦੱਸ ਦੇਈਏ ਕਿ ਕਿਵਾੜ ਖੁੱਲ੍ਹਣ ਦੀਆਂ ਤਿਆਰੀਆਂ ਪੂਰੀ ਤਰ੍ਹਾਂ ਨਾਲ ਮੁਕੰਮਲ ਹੋ ਗਈਆਂ ਹਨ। ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਨੂੰ ਸੋਹਣੇ ਫੁੱਲਾਂ ਨਾਲ ਸਜਾਇਆ ਗਿਆ ਹੈ। ਦੱਸ ਦੇਈਏ ਕਿ ਬੀਤੇ ਦਿਨੀਂ ਰਿਸ਼ੀਕੇਸ਼ ਤੋਂ 5 ਪਿਆਰਿਆਂ ਦੀ ਅਗਵਾਈ ਵਿਚ ਪਹਿਲਾ ਜਥਾ ਰਵਾਨਾ ਹੋ ਗਿਆ ਸੀ, ਜੋ ਗੋਬਿੰਦਘਾਟ (ਬਾਕੀ ਸਫਾ 2 'ਤੇ)




## ਝਾਰਖੰਡ 'ਚ ਦੋ ਇਨਾਮੀ ਨਕਸਲੀ ਆਗੂ ਢੇਰ

ਰਾਂਚੀ, 24 ਮਈ (ਚੜ੍ਹਦੀਕਲਾ ਬਿਊਰੋ) : ਸੁਰੱਖਿਆ ਬਲਾਂ ਨੇ ਝਾਰਖੰਡ ਦੇ ਲਾਤੇਹਾਰ ਜ਼ਿਲ੍ਹੇ ਵਿੱਚ ਝਾਰਖੰਡ ਜਨ ਮੁਕਤੀ ਪਰੀਸ਼ਦ ਦੇ ਦੋ ਦਹਿਸ਼ਤੀ ਆਗੂਆਂ ਨੂੰ ਢੇਰ ਕੀਤਾ ਹੈ। ਇਹ ਆਗੂ ਭਗੌੜੇ ਨਕਸਲੀ ਸੰਗਠਨ ਨਾਲ ਸਬੰਧਤ ਸਨ, ਜਿਨ੍ਹਾਂ ਵਿੱਚੋਂ ਇੱਕ ਉੱਤੇ 10 ਲੱਖ ਰੁਪਏ ਅਤੇ ਦੂਜੇ ਉੱਤੇ 5 ਲੱਖ ਰੁਪਏ ਦਾ ਇਨਾਮ ਸੀ।

ਸੂਤਰਾਂ ਨੇ ਦੱਸਿਆ ਕਿ ਇਸ ਸਮੂਹ ਦੇ ਇੱਕ ਹੋਰ ਮੈਂਬਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਸ ਕੋਲੋਂ ਇੱਕ ਇੰਸਾਸ ਰਾਈਫਲ ਬਰਾਮਦ ਕੀਤੀ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਸੁਰੱਖਿਆ ਬਲਾਂ ਨੇ ਝਾਰਖੰਡ ਦੇ ਲਾਤੇਹਾਰ ਜ਼ਿਲ੍ਹੇ ਵਿੱਚ ਪੱਪੂ ਲੋਹਾਰਾ ਅਤੇ ਪ੍ਰਭਾਤ ਗੰਝੂ ਦੋਹਾਂ ਤੇ ਕ੍ਰਮਵਾਰ 10 ਲੱਖ ਅਤੇ 5 ਲੱਖ ਰੁਪਏ ਦਾ ਇਨਾਮ ਸੀ, ਨੂੰ ਢੇਰ ਕੀਤਾ ਹੈ।

## ਪੰਜਾਬ 'ਚ ਹਨ੍ਹੇਰੀ-ਝੱਖੜ ਕਾਰਨ ਡਿੱਗੇ ਖੰਭੇ ਤੇ ਉੱਡੀਆਂ ਛੱਤਾਂ

**ਚੜ੍ਹਦੀਕਲਾ ਬਿਊਰੋ**



ਚੰਡੀਗੜ੍ਹ, 24 ਮਈ :ਪੰਜਾਬ ਵਿਚ ਅੱਜ ਮੌਸਮ ਨੇ ਦੁਪਹਿਰ ਬਾਅਦ ਅਚਾਨਕ ਆਪਣਾ ਮਿਜਾਜ਼ ਬਦਲ ਲਿਆ। ਜਲੰਧਰ, ਅੰਮ੍ਰਿਤਸਰ, ਬਠਿੰਡਾ, ਤਰਨਤਾਰਨ ਸਣੇ ਕਈ ਇਲਾਕਿਆਂ ਵਿਚ ਜਿੱਥੇ ਤੇਜ਼ ਹਨ੍ਹੇਰੀ-ਝੱਖੜ ਨੇ ਤਬਾਹੀ ਮਚਾਈ, ਉਥੇ ਹੀ ਜਲੰਧਰ ਦੇ ਕੰਪਨੀ ਬਾਗ ਦੇ ਬਾਹਰ ਲੱਗਾ ਲੋਹੇ ਦਾ ਪੋਲ ਹਨ੍ਹੇਰੀ ਕਾਰਨ ਹੇਠਾਂ ਡਿੱਗ ਗਿਆ।

ਗਨੀਮਤ ਇਹ ਰਹੀ ਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ ਪਰ ਇਕ ਕਾਰ ਨੁਕਸਾਨੀ ਗਈ ਹੈ। ਉਥੇ ਹੀ ਹਨ੍ਹੇਰੀ ਕਾਰਨ ਬਠਿੰਡਾ ਵਿਖੇ ਵੀ ਭਾਰੀ ਤਬਾਹੀ ਹੋਈ। ਅਚਾਨਕ ਚੱਲੀ ਤੇਜ਼ ਹਵਾ ਨਾਲ ਨਾ ਸਿਰਫ਼ ਬਿਜਲੀ ਦੀ ਲਾਈਨ ਠੱਪ ਹੋ ਗਈ, ਸਗੋਂ ਪੂਰੇ ਇਲਾਕੇ ਵਿੱਚ ਹਨੇਰਾ ਛਾ ਗਿਆ। ਦਰਜਨਾਂ ਦਰਖਤ ਜ਼ਮੀਨ 'ਤੇ ਢਹਿ ਪਏ, ਬਿਜਲੀ ਦੇ ਖੰਭੇ ਡਿੱਗਣ ਕਾਰਨ ਬਿਜਲੀ ਪ੍ਰਣਾਲੀ ਠੱਪ ਹੋ ਗਈ। ਚਸ਼ਮਦੀਦਾਂ ਦੇ ਅਨੁਸਾਰ ਹਨ੍ਹੇਰੀ ਇੰਨੀ ਤੇਜ਼ ਸੀ ਕਿ ਕਈ ਛੱਤਾਂ ਅਤੇ ਟੀਨ ਉੱਡ ਕੇ ਦੂਰ ਜਾ ਡਿੱਗੇ। ਸੜਕਾਂ 'ਤੇ ਆਵਾਜਾਈ ਠੱਪ ਹੋ ਗਈ ਅਤੇ ਲੋਕ ਘਰਾਂ 'ਚ ਕੈਦ ਹੋ ਕੇ ਰਹਿ ਗਏ। ਬਜ਼ੁਰਗਾਂ ਅਤੇ ਬੱਚਿਆਂ ਨੂੰ ਖ਼ਾਸ ਤਕਲੀਫ਼ ਦਾ ਸਾਹਮਣਾ ਕਰਨਾ ਪਿਆ। ਹਸਪਤਾਲ, ਪਾਣੀ ਸਪਲਾਈ ਅਤੇ ਹੋਰ ਲੋੜੀਂਦੀਆਂ ਸੇਵਾਵਾਂ 'ਤੇ ਵੀ ਹਨੇਰੀ ਦੇ ਗੰਭੀਰ ਅਸਰ ਪਏ ਹਨ। ਇਲਾਕੇ ਦੇ ਨਿਗਮ ਅਤੇ ਬਿਜਲੀ ਵਿਭਾਗ ਵੱਲੋਂ ਬਿਜਲੀ ਬਹਾਲੀ ਅਤੇ ਸਫ਼ਾਈ ਦੇ ਕੰਮ ਜਾਰੀ ਹਨ। ਪ੍ਰਸ਼ਾਸਨ ਵੱਲੋਂ (ਬਾਕੀ ਸਫਾ 2 'ਤੇ)

## 8 ਦਿਨ ਪਹਿਲਾਂ ਹੀ ਕੇਰਲਾ ਪੁੱਜਾ ਮਾਨਸੂਨ

ਨਵੀਂ ਦਿੱਲੀ, 24 ਮਈ (ਚੜ੍ਹਦੀਕਲਾ ਬਿਊਰੋ) : ਮਾਨਸੂਨ ਨੇ ਸ਼ਨੀਵਾਰ ਨੂੰ ਕੇਰਲ ਵਿੱਚ ਦਸਤਕ ਦੇ ਦਿੱਤੀ ਹੈ। ਇਹ ਆਪਣੇ ਨਿਰਧਾਰਤ ਸਮੇਂ 1 ਜੂਨ ਤੋਂ 8 ਦਿਨ ਪਹਿਲਾਂ ਪਹੁੰਚ ਗਿਆ ਹੈ। ਮੌਸਮ ਵਿਭਾਗ ਦੇ ਅਨੁਸਾਰ, 16 ਸਾਲਾਂ ਵਿੱਚ ਇਹ ਪਹਿਲੀ ਵਾਰ ਹੈ ਜਦੋਂ ਮਾਨਸੂਨ ਇੰਨੀ ਜਲਦੀ ਆ ਗਿਆ ਹੈ। ਸਾਲ 2024 ਵਿੱਚ, ਇਹ 30 ਮਈ ਨੂੰ ਕੇਰਲ ਪਹੁੰਚਿਆ ਸੀ।

ਮੌਸਮ ਵਿਭਾਗ ਦੇ ਅਨੁਸਾਰ, ਦੱਖਣ-ਪੱਛਮੀ ਮਾਨਸੂਨ ਚਾਰ ਦਿਨਾਂ ਲਈ ਦੇਸ਼ ਤੋਂ ਲਗਭਗ 40-50 ਕਿਲੋਮੀਟਰ ਦੂਰ ਫਸਿਆ ਹੋਇਆ ਸੀ। ਸ਼ੁੱਕਰਵਾਰ ਸ਼ਾਮ ਨੂੰ ਜਲਦੀ ਅੱਗੇ (ਬਾਕੀ ਸਫਾ 2 'ਤੇ)

## ਮਹਾਰਾਸ਼ਟਰ 'ਚ ਕੋਵਿਡ ਦੇ ਮਰੀਜ਼ ਦੀ ਮੌਤ, ਇੱਕ ਹੋਰ ਜ਼ੇਰੇ-ਇਲਾਜ

ਠਾਣੇ, 24 ਮਈ (ਚੜ੍ਹਦੀਕਲਾ ਬਿਊਰੋ) : ਮਹਾਰਾਸ਼ਟਰ ਦੇ ਠਾਣੇ ਨਗਰ ਨਿਗਮ (ਟੀ.ਐਮ.ਸੀ.) ਨੇ ਕਿਹਾ ਹੈ ਕਿ ਸ਼ਨਿੱਚਰਵਾਰ ਨੂੰ ਸ਼ਹਿਰ ਵਿੱਚ ਕੋਵਿਡ ਵਾਇਰਲ ਇਨਫੈਕਸ਼ਨ ਦੇ ਅੱਠ ਨਵੇਂ ਮਾਮਲੇ ਸਾਹਮਣੇ ਆਏ, ਜਦੋਂ ਕਿ ਇੱਕ ਕੋਵਿਡ-19 ਮਰੀਜ਼ ਦੀ ਮੌਤ ਹੋ ਗਈ। ਸ਼ਹਿਰ ਵਿੱਚ ਕੁੱਲ 18 ਸਰਗਰਮ ਕੋਵਿਡ-19 ਮਰੀਜ਼ ਹਨ। ਇਹ ਵੀ ਕਿਹਾ ਗਿਆ ਹੈ ਕਿ ਉਨ੍ਹਾਂ ਵਿੱਚੋਂ ਸਿਰਫ਼ ਇੱਕ ਹਸਪਤਾਲ ਵਿੱਚ ਜ਼ੇਰੇ-ਇਲਾਜ ਹੈ, ਜਦੋਂ ਕਿ ਬਾਕੀ ਨੂੰ ਘਰ ਵਿੱਚ ਹੀ ਇਕੱਲਤਾ ਵਿੱਚ ਰੱਖਿਆ ਗਿਆ ਹੈ। ਉਨ੍ਹਾਂ ਸਾਰਿਆਂ ਦੀ ਹਾਲਤ ਸਥਿਰ ਦੱਸੀ ਗਈ ਹੈ। ਨਿਗਮ ਦੀ ਰਿਲੀਜ਼ ਵਿੱਚ ਕਿਹਾ ਗਿਆ ਹੈ ਕਿ ਕਲਵਾ ਵਿਖੇ ਟੀ.ਐਮ.ਸੀ. ਦੇ ਛਤਰਪਤੀ ਸ਼ਿਵਾਜੀ ਮਹਾਰਾਜ ਹਸਪਤਾਲ ਵਿੱਚ ਸਵੇਰੇ ਕੋਮੋਰਬਿਡੀਟੀਜ਼(ਇਕੋ ਵੇਲੇ ਦੋ ਜਾਂ ਵੱਧ ਬਿਮਾਰੀਆਂ ਦੀ ਗੰਭੀਰਤਾ) ਕਾਰਨ ਗੰਭੀਰ ਸ਼ੂਗਰ ਤੋਂ (ਬਾਕੀ ਸਫਾ 2 'ਤੇ)



# ਪਹਿਲੇ ਸਫ਼ੇ ਦੀ ਬਾਕੀ

## ਪੰਜਾਬ ਦੇ ਸਰਕਾਰੀ ਸਕੂਲਾਂ ਲਈ ਨਵੇਂ

ਜਿਸ ਵਿੱਚ ਉਨ੍ਹਾਂ ਨੂੰ ਤੇਲਗੂ ਭਾਸ਼ਾ ਦਾ ਮੁੱਢਲਾ ਗਿਆਨ ਦਿੱਤਾ ਜਾਵੇਗਾ। ਸਰਕਾਰੀ ਹੁਕਮਾਂ ਪਿੱਛੇ 'ਏਕ ਭਾਰਤ ਸ੍ਰੇਸ਼ਠ ਭਾਰਤ' ਮਿਸ਼ਨ ਨੂੰ ਆਧਾਰ ਬਣਾਇਆ ਗਿਆ ਹੈ, ਪਰ ਰਾਜ 'ਚ ਸਿੱਖਿਆ ਦੀ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਅਧਿਆਪਕ ਜਥੇਬੰਦੀਆਂ ਅਤੇ ਮਾਹਰ ਇਸ 'ਤੇ ਗੰਭੀਰ ਸਵਾਲ ਉਠਾ ਰਹੇ ਹਨ। ਅਧਿਆਪਕ ਯੂਨੀਅਨ ਦਾ ਕਹਿਣਾ ਹੈ ਕਿ ਪੰਜਾਬ 'ਚ 12ਵੀਂ ਜਮਾਤ ਦੇ 3800 ਤੋਂ ਵੱਧ ਵਿਦਿਆਰਥੀ ਅਤੇ 10ਵੀਂ ਜਮਾਤ ਦੇ 1571 ਵਿਦਿਆਰਥੀ ਪੰਜਾਬੀ ਭਾਸ਼ਾ ਵਿੱਚ ਫੇਲ੍ਹ ਹੋਏ ਹਨ, ਜਦੋਂ ਕਿ ਸਿੱਖਿਆ ਵਿਭਾਗ ਹੁਣ ਅਧਿਆਪਕਾਂ ਨੂੰ ਉਨ੍ਹਾਂ ਹੀ ਵਿਦਿਆਰਥੀਆਂ ਨੂੰ ਤੇਲਗੂ ਭਾਸ਼ਾ ਪੜ੍ਹਾਉਣ ਦੇ ਹੁਕਮ ਦੇ ਰਿਹਾ ਹੈ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਨੇ ਇਸਦਾ ਸਖ਼ਤ ਵਿਰੋਧ ਕੀਤਾ ਹੈ ਅਤੇ ਉਹਨਾਂ ਦਾ ਕਹਿਣਾ ਹੈ ਕਿ ਜਦੋਂ ਵਿਦਿਆਰਥੀ ਆਪਣੀ ਮਾਤ ਭਾਸ਼ਾ ਪੰਜਾਬੀ ਵਿੱਚ ਪਛੜ ਜਾਂਦੇ ਹਨ, ਤਾਂ ਚੌਥੀ ਭਾਸ਼ਾ ਦਾ ਬੋਝ ਥੋਪਣਾ ਪੂਰੀ ਤਰ੍ਹਾਂ ਗੈਰ-ਵਿਗਿਆਨਕ ਅਤੇ ਤਰਕਹੀਣ ਹੈ। ਦਰਅਸਲ ਵਿਭਾਗ ਨੇ ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਤਿੰਨ ਸਮੂਹਾਂ ਵਿੱਚ ਵੰਡ ਕੇ ਗਰਮੀਆਂ ਦੇ ਕੈਂਪਾਂ ਰਾਹੀਂ ਤੇਲਗੂ ਪੜ੍ਹਾਉਣ ਦੀ ਯੋਜਨਾ ਬਣਾਈ ਹੈ। 4"6 ਆਗੂਆਂ ਨੇ ਕਿਹਾ ਕਿ ਸਕੂਲਾਂ ਵਿੱਚ ਪਹਿਲਾਂ ਹੀ ਅਧਿਆਪਕਾਂ ਦੀ ਵੱਡੀ ਘਾਟ ਹੈ ਅਤੇ ਹੁਣ ਉਨ੍ਹਾਂ ਨੂੰ ਗੈਰ-ਵਿਦਿਅਕ ਕੰਮਾਂ ਵਿੱਚ ਲਗਾ ਕੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।

## ਪੰਜਾਬ ਨਾਲ ਬੇਇਨਸਾਫ਼ੀ

ਨੂੰ ਪੁਰਾਣੇ ਪੰਜਾਬ ਅਤੇ ਉੱਤਰ ਪ੍ਰਦੇਸ਼ ਵਿਚਕਾਰ ਹੋਇਆ ਸੀ, ਜਿਸ ਵਿੱਚ ਪੁਰਾਣੇ ਪੰਜਾਬ ਨੂੰ ਯਮੁਨਾ ਦੇ ਪਾਣੀਆਂ ਦੇ ਦੋ-ਤਿਹਾਈ ਹਿੱਸੇ ਦਾ ਹੱਕਦਾਰ ਬਣਾਇਆ ਗਿਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਸਮਝੌਤੇ ਵਿੱਚ ਯਮੁਨਾ ਦੇ ਪਾਣੀਆਂ ਨਾਲ ਸਿੰਜਣ ਲਈ ਕਿਸੇ ਖਾਸ ਖੇਤਰ ਨੂੰ ਨਹੀਂ ਦਰਸਾਇਆ ਗਿਆ ਸੀ। ਉਨ੍ਹਾਂ ਇਹ ਵੀ ਕਿਹਾ ਕਿ ਪੁਨਰਗਠਨ ਤੋਂ ਪਹਿਲਾਂ ਰਾਵੀ ਅਤੇ ਬਿਆਸ ਦਰਿਆ ਵਾਂਗ ਯਮੁਨਾ ਨਦੀ ਵੀ ਪੁਰਾਣੇ ਪੰਜਾਬ ਰਾਜ ਵਿੱਚੋਂ ਵਗਦੇ ਸਨ। ਉਨ੍ਹਾਂ ਦੁੱਖ ਪ੍ਰਗਟ ਕੀਤਾ ਕਿ ਪੰਜਾਬ ਅਤੇ ਹਰਿਆਣਾ ਵਿਚਕਾਰ ਦਰਿਆਈ ਪਾਣੀਆਂ ਦੀ ਵੰਡ ਕਰਦੇ ਸਮੇਂ ਯਮੁਨਾ ਦੇ ਪਾਣੀਆਂ 'ਤੇ ਵਿਚਾਰ ਨਹੀਂ ਕੀਤਾ ਗਿਆ, ਜਦੋਂ ਕਿ ਰਾਵੀ ਅਤੇ ਬਿਆਸ ਦੇ ਪਾਣੀਆਂ ਨੂੰ ਸਹੀ ਢੰਗ ਨਾਲ ਧਿਆਨ ਵਿੱਚ ਰੱਖਿਆ ਗਿਆ ਸੀ। ਭਾਰਤ ਸਰਕਾਰ ਦੁਆਰਾ ਗਠਿਤ ਇਰੀਗੇਸ਼ਨ ਕਮਿਸ਼ਨ ਦੀ 1972 ਦੀ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਰਿਪੋਰਟ ਮੁਤਾਬਕ ਪੰਜਾਬ (1966 ਵਿੱਚ ਪੁਨਰਗਠਨ ਤੋਂ ਬਾਅਦ) ਯਮੁਨਾ ਨਦੀ ਬੇਸਿਨ ਵਿੱਚ ਆਉਂਦਾ ਹੈ।

ਇਸ ਲਈ ਮੁੱਖ ਮੰਤਰੀ ਨੇ ਕਿਹਾ ਕਿ ਜੇ ਹਰਿਆਣਾ ਦਾ ਰਾਵੀ ਅਤੇ ਬਿਆਸ ਦਰਿਆਵਾਂ ਦੇ ਪਾਣੀਆਂ 'ਤੇ ਦਾਅਵਾ ਹੈ ਤਾਂ ਪੰਜਾਬ ਦਾ ਵੀ ਯਮੁਨਾ ਦੇ ਪਾਣੀਆਂ 'ਤੇ ਬਰਾਬਰ ਦਾਅਵਾ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਬੇਨਤੀਆਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ ਅਤੇ ਯਮੁਨਾ ਨਦੀ 'ਤੇ ਸਟੋਰੇਜ ਢਾਂਚੇ ਦੀ ਉਸਾਰੀ ਨਾ ਹੋਣ ਕਾਰਨ ਪਾਣੀ ਬਰਬਾਦ ਹੋ ਰਿਹਾ ਹੈ। ਇਸ ਲਈ ਭਗਵੰਤ ਸਿੰਘ ਮਾਨ ਨੇ ਬੇਨਤੀ ਕੀਤੀ ਕਿ ਇਸ ਸਮਝੌਤੇ ਦੀ ਸੋਧ ਦੌਰਾਨ ਪੰਜਾਬ ਦੇ ਦਾਅਵੇ 'ਤੇ ਵਿਚਾਰ ਕੀਤਾ ਜਾਵੇ ਅਤੇ ਪੰਜਾਬ ਨੂੰ ਯਮੁਨਾ ਦੇ ਪਾਣੀਆਂ 'ਤੇ ਉਸ ਦਾ ਬਣਦਾ ਹੱਕ ਦਿੱਤਾ ਜਾਵੇ।

ਭਾਖੜਾ ਬਿਆਸ ਪ੍ਰਬੰਧਕੀ ਬੋਰਡ (ਬੀ.ਬੀ.ਐਮ.ਬੀ.) ਦੀ ਪੱਖਪਾਤੀ ਪਹੁੰਚ ਦਾ ਮੁੱਦਾ ਉਠਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਬੋਰਡ ਦਾ ਗਠਨ ਪੰਜਾਬ ਪੁਨਰਗਠਨ ਐਕਟ, 1966 ਦੇ ਉਪਬੰਧਾਂ ਅਧੀਨ ਕੀਤਾ ਗਿਆ ਸੀ, ਜਿਸ ਦਾ ਅਧਿਕਾਰ ਭਾਖੜਾ, ਨੰਗਲ ਅਤੇ ਬਿਆਸ ਪ੍ਰਾਜੈਕਟਾਂ ਤੋਂ ਭਾਈਵਾਲ ਰਾਜਾਂ ਪੰਜਾਬ, ਹਰਿਆਣਾ, ਰਾਜਸਥਾਨ, ਹਿਮਾਚਲ ਪ੍ਰਦੇਸ਼, ਦਿੱਲੀ ਅਤੇ ਚੰਡੀਗੜ੍ਹ ਨੂੰ ਪਾਣੀ ਅਤੇ ਬਿਜਲੀ ਦੀ ਸਪਲਾਈ ਨੂੰ ਨਿਯਮਤ ਕਰਨ ਲਈ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਪੰਜਾਬ ਆਪਣੇ ਪੀਣ ਵਾਲੇ ਪਾਣੀ ਅਤੇ ਹੋਰ ਅਸਲ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਭਾਈਵਾਲ ਸੂਬਿਆਂ ਨਾਲ ਪਾਣੀ ਸਾਂਝਾ ਕਰਨ ਵਿੱਚ ਬਹੁਤ ਉਦਾਰ ਰਿਹਾ ਹੈ ਕਿਉਂਕਿ ਪੰਜਾਬ ਆਪਣੀ ਪਾਣੀ ਦੀ ਮੰਗ ਨੂੰ ਪੂਰਾ ਕਰਨ ਲਈ ਆਪਣੇ ਭੂਮੀਗਤ ਭੰਡਾਰਾਂ 'ਤੇ ਨਿਰਭਰ ਕਰਦਾ ਸੀ, ਖਾਸ ਕਰਕੇ ਝੋਨੇ ਦੀ ਫਸਲ ਲਈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਤੀਜੇ ਵਜੋਂ ਭੂਮੀਗਤ ਪਾਣੀ ਦਾ ਪੱਧਰ ਬਹੁਤ ਹੱਦ ਤੱਕ ਹੇਠਾਂ ਚਲਾ ਗਿਆ ਹੈ। ਇੱਥੋਂ ਤੱਕ ਕਿ ਪੰਜਾਬ ਦੇ 153 ਬਲਾਕਾਂ ਵਿੱਚੋਂ 115 ਬਲਾਕ (76.10 ਫੀਸਦੀ) ਧਰਤੀ ਹੇਠੋਂ ਜ਼ਿਆਦਾ ਪਾਣੀ ਕੱਢ ਰਹੇ ਹਨ ਅਤੇ ਇਹ ਪ੍ਰਤੀਸ਼ਤਤਾ ਦੇਸ਼ ਦੇ ਸਾਰੇ ਰਾਜਾਂ ਵਿੱਚੋਂ ਸਭ ਤੋਂ ਵੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹੁਣ ਨਹਿਰੀ ਢਾਂਚੇ ਨੂੰ ਅਪਗ੍ਰੇਡ ਕਰਨ ਨਾਲ ਪੰਜਾਬ ਨੂੰ ਖੁਦ ਆਪਣੀ ਪਾਣੀ ਦੀ ਜ਼ਰੂਰਤ ਤੋਂ ਘੱਟ ਪਾਣੀ ਮਿਲ ਰਿਹਾ ਹੈ ਅਤੇ ਦਰਿਆਈ ਪਾਣੀਆਂ ਵਿੱਚ ਇਸ ਦਾ ਪਾਣੀ ਦਾ ਹਿੱਸਾ ਵੀ ਇਨ੍ਹਾਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕਾਫ਼ੀ ਨਹੀਂ ਹੈ। ਉਨ੍ਹਾਂ ਕਿਹਾ ਕਿ ਸਾਡੀ ਵਾਰ-ਵਾਰ ਬੇਨਤੀ ਦੇ ਬਾਵਜੂਦ ਬੀ.ਬੀ.ਐਮ.ਬੀ. ਨੇ ਹਰਿਆਣਾ ਨੂੰ ਪਾਣੀ ਛੱਡਣ ਨੂੰ ਨਿਯਮਤ ਕਰਨ ਲਈ ਦੂਜੇ ਭਾਈਵਾਲ ਰਾਜਾਂ ਨੂੰ ਸਲਾਹ ਦੇਣ ਲਈ ਕੋਈ ਕਾਰਵਾਈ ਨਹੀਂ ਕੀਤੀ ਅਤੇ ਨਤੀਜੇ ਵਜੋਂ ਇਸ ਨੇ 30 ਮਾਰਚ, 2025 ਤੱਕ ਆਪਣੇ ਹਿੱਸੇ ਦਾ ਪੂਰਾ ਪਾਣੀ ਵਰਤ ਲਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰਿਆਣਾ ਸਰਕਾਰ ਦੀ ਬੇਨਤੀ 'ਤੇ ਮਨੁੱਖੀ ਆਧਾਰ 'ਤੇ ਵਿਚਾਰ ਕਰਦੇ ਹੋਏ ਪੀਣ ਵਾਲੇ ਪਾਣੀ ਦੀ ਜ਼ਰੂਰਤ ਨੂੰ ਪੂਰਾ ਕਰਨ ਲਈ ਪੰਜਾਬ ਦੇ ਹਿੱਸੇ ਵਿੱਚੋਂ 4000 ਕਿਊਸਿਕ ਪਾਣੀ ਛੱਡਣ ਦਾ ਫੈਸਲਾ ਕੀਤਾ ਸੀ। ਹਾਲਾਂਕਿ ਹਰਿਆਣਾ ਨੂੰ ਅਸਲ ਵਿੱਚ ਸਿਰਫ਼ 1700 ਕਿਊਸਿਕ ਪਾਣੀ ਦੀ ਲੋੜ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਬੀ.ਬੀ.ਐਮ.ਬੀ. ਨੇ ਪੰਜਾਬ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕੀਤਾ ਅਤੇ ਪੰਜਾਬ ਵੱਲੋਂ ਉਠਾਏ ਗਏ ਗੰਭੀਰ ਇਤਰਾਜ਼ਾਂ ਦੇ ਬਾਵਜੂਦ ਹਰਿਆਣਾ ਨੂੰ 8500 ਕਿਊਸਿਕ ਪਾਣੀ ਛੱਡਣ ਦਾ ਫੈਸਲਾ ਕੀਤਾ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਦੀ ਭਾਵਨਾ ਅਤੇ ਤਜਵੀਜ਼ਾਂ ਦੇ ਵਿਰੁੱਧ ਹੈ ਕਿਉਂਕਿ ਬੀ.ਬੀ.ਐਮ.ਬੀ. ਨੇ ਪੰਜਾਬ ਦਾ ਪਾਣੀ ਲੈਣ ਦਾ ਇਹ ਫੈਸਲਾ ਪੰਜਾਬ ਦੀ ਸਹਿਮਤੀ ਦੇ ਵਿਰੁੱਧ ਲਿਆ ਹੈ, ਨਾਲ ਹੀ ਬੀ.ਬੀ.ਐਮ.ਬੀ. ਨੂੰ ਸਲਾਹ ਦਿੱਤੀ ਜਾਣੀ ਚਾਹੀਦੀ ਹੈ ਕਿ ਉਹ ਜ਼ਬਤ ਵਿੱਚ ਰਹੇ ਅਤੇ ਕਾਨੂੰਨ ਦੀਆਂ ਤਜਵੀਜ਼ਾਂ ਅਨੁਸਾਰ ਕੰਮ ਕਰੇ। ਭਗਵੰਤ ਸਿੰਘ ਮਾਨ ਨੇ ਨੀਤੀ ਆਯੋਗ ਨੂੰ ਜਾਣੂ ਕਰਵਾਇਆ ਕਿ ਪੰਜਾਬ ਆਪਣੇ ਕਾਰਜਾਂ ਵਿੱਚ ਵਿੱਤੀ ਕੁਸ਼ਲਤਾ ਲਿਆਉਣ ਲਈ ਬੀ.ਬੀ.ਐਮ.ਬੀ. ਨੂੰ ਵਾਰ-ਵਾਰ ਬੇਨਤੀ ਕਰ ਰਿਹਾ ਹੈ ਪਰ ਕੋਈ ਫਾਇਦਾ ਨਹੀਂ ਹੋਇਆ ਅਤੇ ਬੀ.ਬੀ.ਐਮ.ਬੀ. ਵੱਲੋਂ ਸਰੋਤਾਂ ਦੀ ਵਰਤੋਂ ਵਿੱਚ ਵੀ ਲਾਪਰਵਾਹੀ ਵਰਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਬੀ.ਬੀ.ਐਮ.ਬੀ. ਨੂੰ ਇਹ ਯਕੀਨੀ ਬਣਾਉਣ ਦੀ ਸਲਾਹ ਦਿੱਤੀ ਜਾਣੀ ਚਾਹੀਦੀ ਹੈ ਕਿ ਵਿੱਤੀ ਸਰੋਤਾਂ ਦੀ ਤਰਕਸੰਗਤ ਵਰਤੋਂ ਕੀਤੀ ਜਾਵੇ ਤਾਂ ਜੋ ਭਾਈਵਾਲ ਰਾਜਾਂ 'ਤੇ ਵਿੱਤੀ ਬੋਝ ਘੱਟ ਹੋ ਸਕੇ। ਉਨ੍ਹਾਂ ਅੱਗੇ ਕਿਹਾ ਕਿ ਹਾਲ ਹੀ ਵਿੱਚ ਬੀ.ਬੀ.ਐਮ.ਬੀ. ਪ੍ਰਸ਼ਾਸਕੀ ਗਤੀਵਿਧੀਆਂ ਵਿੱਚ ਸ਼ਾਮਲ ਰਿਹਾ ਹੈ, ਜੋ ਪੱਖਪਾਤੀ ਅਤੇ ਪੰਜਾਬ ਦੇ ਹਿੱਤ ਦੇ ਵਿਰੁੱਧ ਜਾਪਦਾ ਹੈ। ਉਨ੍ਹਾਂ ਕਿਹਾ ਕਿ ਬੀ.ਬੀ.ਐਮ.ਬੀ. ਵਿੱਚ ਪੰਜਾਬ ਦੇ ਅਧਿਕਾਰੀਆਂ ਨੂੰ ਹਾਸ਼ੀਏ 'ਤੇ ਧੱਕਿਆ ਜਾ ਰਿਹਾ ਹੈ ਅਤੇ ਅਣਗੌਲਿਆਂ ਕੀਤਾ ਜਾ ਰਿਹਾ ਹੈ। ਇਸ 'ਤੇ ਗੰਭੀਰ ਇਤਰਾਜ਼ ਜਤਾਉਂਦੇ ਹੋਏ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੀ.ਬੀ.ਐਮ.ਬੀ. ਨੂੰ ਦੋਵਾਂ ਰਾਜਾਂ ਨਾਲ ਆਪਣੇ ਵਿਹਾਰ ਵਿੱਚ ਪਾਰਦਰਸ਼ੀ ਅਤੇ ਨਿਰਪੱਖ ਪਹੁੰਚ ਅਪਣਾਉਣ ਦੀ ਸਲਾਹ ਦੇਣਾ ਠੀਕ ਰਹੇਗਾ।

ਭਾਖੜਾ ਨੰਗਲ ਡੈਮ 'ਤੇ ਸੀ.ਆਈ.ਐਸ.ਐਫ. ਦੀ ਤਾਇਨਾਤੀ ਦੇ ਮੁੱਦੇ ਨੂੰ ਉਜਾਗਰ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਭਾਖੜਾ ਅਤੇ ਨੰਗਲ ਡੈਮਾਂ ਦੀ ਸੁਰੱਖਿਆ ਉਨ੍ਹਾਂ ਦੇ ਨਿਰਮਾਣ ਤੋਂ ਹੀ ਸਬੰਧਤ ਰਾਜਾਂ ਦੀ ਜ਼ਿੰਮੇਵਾਰੀ ਰਹੀ ਹੈ। ਉਨ੍ਹਾਂ ਕਿਹਾ ਕਿ ਬਿਜਲੀ ਮੰਤਰਾਲੇ ਨੇ ਭਾਖੜਾ ਨੰਗਲ ਡੈਮਾਂ ਦੀ ਸੁਰੱਖਿਆ ਲਈ ਸੀ.ਆਈ.ਐਸ.ਐਫ. ਨੂੰ ਤਾਇਨਾਤ ਕਰਨ ਦਾ ਫੈਸਲਾ ਲਿਆ ਹੈ, ਜੋ ਕਿ ਬੇਲੋੜਾ ਕਦਮ ਹੈ ਕਿਉਂਕਿ ਇੱਕ ਚੰਗੀ ਤਰ੍ਹਾਂ ਸਥਾਪਿਤ ਸੰਚਾਲਨ ਪ੍ਰਬੰਧਨ ਨੂੰ ਵਿਗਾੜਨ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਇਹ ਇਨ੍ਹਾਂ ਡੈਮਾਂ ਦੇ ਸਬੰਧ ਵਿੱਚ ਪੰਜਾਬ ਦੇ ਅਧਿਕਾਰ ਨੂੰ ਹੋਰ ਖੋਰਾ ਲਗਾਉਂਦਾ ਹੈ। ਇਸ ਦੇ ਮੱਦੇਨਜ਼ਰ ਭਗਵੰਤ ਸਿੰਘ ਮਾਨ ਨੇ ਬੇਨਤੀ ਕੀਤੀ ਕਿ ਸੀ.ਆਈ.ਐਸ.ਐਫ. ਨੂੰ ਤਾਇਨਾਤ ਕਰਨ ਦੇ ਫੈਸਲੇ ਨੂੰ ਤੁਰੰਤ ਰੱਦ ਕੀਤਾ ਜਾਵੇ।

ਚੰਡੀਗੜ੍ਹ ਪ੍ਰਸ਼ਾਸਨ ਵਿੱਚ ਪੰਜਾਬ ਦੇ ਅਧਿਕਾਰੀਆਂ ਨੂੰ 60:40 ਦੇ ਅਨੁਪਾਤ ਵਿੱਚ ਢੁੱਕਵੀਂ ਪ੍ਰਤੀਨਿਧਤਾ ਦੀ ਮੰਗ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਹੈ ਅਤੇ 1966 ਵਿੱਚ ਪੰਜਾਬ ਦੇ ਪੁਨਰਗਠਨ ਤੋਂ ਬਾਅਦ ਇੱਕ ਸਥਾਪਿਤ ਪ੍ਰਬੰਧ ਰਿਹਾ ਹੈ, ਜਿਸ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਵਿੱਚ ਸਾਰੀਆਂ ਸਿਵਲ ਅਸਾਮੀਆਂ ਨੂੰ ਪੰਜਾਬ ਅਤੇ ਹਰਿਆਣਾ ਤੋਂ ਲਏ ਗਏ ਕਰਮਚਾਰੀਆਂ ਤੋਂ 60:40 ਦੇ ਅਨੁਪਾਤ ਵਿੱਚ ਭਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹਾਲ ਹੀ ਦੇ ਸਾਲਾਂ ਵਿੱਚ ਏ.ਜੀ.ਐਮ.ਯੂ.ਟੀ. ਅਤੇ ਡੀ.ਏ.ਐਨ.ਆਈ.ਸੀ. ਕਾਡਰਾਂ ਤੋਂ ਡੈਪੂਟੇਸ਼ਨਾਂ ਵਿੱਚ ਯੋਜਨਾਬੱਧ ਵਾਧੇ ਨਾਲ ਇਹ ਸੰਤੁਲਨ ਬੁਰੀ ਤਰ੍ਹਾਂ ਵਿਗੜ ਗਿਆ ਹੈ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਵਿੱਚ ਹੁਣ ਤੱਕ ਪੰਜਾਬ ਦੇ ਅਧਿਕਾਰੀਆਂ ਦੁਆਰਾ ਚਲਾਏ ਜਾਂਦੇ ਮੁੱਖ ਵਿਭਾਗ ਹੁਣ ਏ.ਜੀ.ਐਮ.ਯੂ.ਟੀ. ਕਾਡਰ ਦੇ ਬਹੁਤ ਜੂਨੀਅਰ ਅਧਿਕਾਰੀਆਂ ਨੂੰ ਅਲਾਟ ਕਰ ਦਿੱਤੇ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਵੱਧਦਾ ਕੇਂਦਰੀਕਰਨ ਅਤੇ ਆਪਣੀ ਰਾਜਧਾਨੀ ਦੇ ਪ੍ਰਸ਼ਾਸਨ ਵਿੱਚ ਪੰਜਾਬ ਨੂੰ ਘਟਦੀ ਪ੍ਰਤੀਨਿਧਤਾ ਸਹਿਕਾਰੀ ਸੰਘਵਾਦ ਦੀ ਭਾਵਨਾ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਦੇ ਸੇਵਾ ਨਿਯਮਾਂ ਵਿੱਚ ਸਾਰੀਆਂ ਸੋਧਾਂ/ਪ੍ਰਸਤਾਵਿਤ ਸੋਧਾਂ ਨੂੰ ਤੁਰੰਤ ਰੱਦ/ਵਾਪਸ ਕੀਤਾ ਜਾਵੇ।

ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਅਕਾਦਮਿਕ ਸੈਸ਼ਨ 2017-18, 2018-19 ਅਤੇ 2019-20 ਲਈ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਬਕਾਏ ਤੁਰੰਤ ਜਾਰੀ ਕਰਨ ਦਾ ਮੁੱਦਾ ਉਠਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਦੇਸ਼ ਭਰ ਵਿੱਚ ਅਨੁਸੂਚਿਤ ਜਾਤੀ ਦੀ ਆਬਾਦੀ ਦਾ ਸਭ ਤੋਂ ਵੱਧ ਪ੍ਰਤੀਸ਼ਤ (31.94 ਫੀਸਦੀ) ਹੈ ਅਤੇ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ 100 ਫੀਸਦੀ ਕੇਂਦਰੀ ਸਪਾਂਸਰਡ ਸਕੀਮ ਵਜੋਂ ਲਾਗੂ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ 60.79 ਕਰੋੜ ਰੁਪਏ ਦੀ ਸੂਬੇ ਦੀ 'ਪ੍ਰਤੀਬੱਧ ਦੇਣਦਾਰੀ' ਵਾਲੀ ਇਹ ਯੋਜਨਾ ਪੰਜਾਬ ਵਿੱਚ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਸਾਬਤ ਹੋਈ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੇ 2018 ਵਿੱਚ 'ਪ੍ਰਤੀਬੱਧ ਦੇਣਦਾਰੀ' ਦੇ ਮਾਪਦੰਡਾਂ ਨੂੰ ਬਦਲ ਦਿੱਤਾ ਹੈ ਅਤੇ ਇਸ ਨੂੰ ਪਿਛਲੀ ਯੋਜਨਾ ਮਿਆਦ/ਵਿੱਤ ਕਮਿਸ਼ਨ ਦੇ ਮਿਆਦੀ ਸਾਲ ਵਿੱਚ ਸੂਬੇ ਅਤੇ ਕੇਂਦਰ ਦੀ ਹਿੱਸੇਦਾਰੀ ਬਰਾਬਰ ਕਰ ਦਿੱਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨਵੇਂ ਮਾਪਦੰਡਾਂ ਅਨੁਸਾਰ 2017-18, 2018-19 ਅਤੇ 2019-20 ਦੀ ਮਿਆਦ ਲਈ ਸੂਬਾ ਸਰਕਾਰ ਦੀ 'ਪ੍ਰਤੀਬੱਧ ਦੇਣਦਾਰੀ' ਅਚਾਨਕ ਵਧ ਕੇ 800.31 ਕਰੋੜ ਰੁਪਏ ਹੋ ਗਈ, ਜੋ ਕਿ 2016-2017 ਦੇ 60.09 ਕਰੋੜ ਰੁਪਏ ਨਾਲੋਂ 13 ਗੁਣਾ ਵੱਧ ਹੈ। ਉਨ੍ਹਾਂ ਕਿਹਾ ਕਿ ਮੰਤਰਾਲੇ ਵੱਲੋਂ ਮਾਪਦੰਡਾਂ ਵਿੱਚ ਅਚਾਨਕ ਤਬਦੀਲੀ ਦੇ ਨਤੀਜੇ ਵਜੋਂ ਇਕੱਠੀ ਹੋਈ ਸਾਰੀ ਦੇਣਦਾਰੀ ਬਹੁਤ ਵੱਡੀ ਹੈ, ਜੋ ਇਕੱਲੀ ਸੂਬਾ ਸਰਕਾਰ ਨਹੀਂ ਭਰ ਸਕਦੀ। ਇਸ ਲਈ ਭਗਵੰਤ ਸਿੰਘ ਮਾਨ ਨੇ ਭਾਰਤ ਸਰਕਾਰ ਨੂੰ ਬੇਨਤੀ ਕੀਤੀ ਕਿ ਇਹ ਬੈਕਲਾਗ ਰਕਮ 938.26 ਕਰੋੜ ਰੁਪਏ (ਦੇਣਦਾਰੀ ਦਾ 60 ਫੀਸਦੀ) ਕੇਂਦਰ ਵੱਲੋਂ ਜਾਰੀ ਕੀਤੀ ਜਾਵੇ ਤਾਂ ਜੋ ਇਸ ਮਾਮਲੇ ਨੂੰ ਹੱਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਨਾਲ ਕਮਜ਼ੋਰ ਅਤੇ ਪੱਛੜੇ ਵਰਗਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਾਪਤ ਕਰਨ ਅਤੇ ਆਪਣੀ ਕਿਸਮਤ ਬਦਲਣ ਵਿੱਚ ਮੱਦਦ ਮਿਲੇਗੀ।

ਹਰੀਕੇ ਹੈੱਡ ਵਰਕਸ ਦੀ ਡੀ-ਸਿਲਟਿੰਗ ਦੇ ਮੁੱਦੇ 'ਤੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਤਲੁਜ ਅਤੇ ਬਿਆਸ ਦਰਿਆਵਾਂ ਦੇ ਸੰਗਮ ਬਿੰਦੂ 'ਤੇ ਸਥਿਤ ਹੈ ਅਤੇ ਦੱਖਣ-ਪੱਛਮੀ ਪੰਜਾਬ, ਰਾਜਸਥਾਨ ਨੂੰ ਪਾਣੀ ਦੀ ਸਪਲਾਈ ਅਤੇ ਪਾਕਿਸਤਾਨ ਵਿੱਚ ਵਹਾਅ ਨੂੰ ਕੰਟਰੋਲ ਕਰਨ ਲਈ ਮੁੱਖ ਕੰਟਰੋਲ ਬਿੰਦੂ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਜਲ ਭੰਡਾਰ ਵਿੱਚ ਗਾਰ/ਰੇਤ ਦੇ ਤਲਛਟ ਨੇ ਜਲ ਭੰਡਾਰ ਦੀ ਸਮਰੱਥਾ ਨੂੰ ਬਹੁਤ ਘਟਾ ਦਿੱਤਾ ਹੈ ਅਤੇ ਨਹਿਰਾਂ ਦੇ ਸੁਚਾਰੂ ਸੰਚਾਲਨ ਲਈ ਲੋੜੀਂਦੇ ਪਾਣੀ ਦਾ ਮਾੜੂ ਪ੍ਰਭਾਵ ਹੁਣ ਕਪੂਰਥਲਾ ਜ਼ਿਲ੍ਹੇ ਤੱਕ ਮਹਿਸੂਸ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਤਲੁਜ ਅਤੇ ਬਿਆਸ ਦਰਿਆ ਦੇ ਨਾਲ ਲੱਗਦੀ ਖੇਤੀਬਾੜੀ ਜ਼ਮੀਨ ਦਾ ਵੱਡਾ ਹਿੱਸਾ ਹੜ੍ਹਾਂ ਲਈ ਸੰਵੇਦਨਸ਼ੀਲ ਹੋ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੱਗਭੱਗ 600 ਕਰੋੜ ਰੁਪਏ ਦੀ ਲਾਗਤ ਨਾਲ ਜਲ ਭੰਡਾਰ ਦੀ ਡੀ-ਸਿਲਟਿੰਗ ਕਰਨ ਦੀ ਫੌਰੀ ਲੋੜ ਹੈ। ਉਨ੍ਹਾਂ ਕਿਹਾ ਕਿ ਕਿਉਂਕਿ ਜਲ ਭੰਡਾਰ ਖੇਤਰ ਨੂੰ ਰਾਮਸਰ ਕਨਵੈਨਸ਼ਨ ਸਾਈਟ ਐਲਾਨਿਆ ਗਿਆ ਹੈ ਅਤੇ ਇਹ ਕੌਮੀ ਮਹੱਤਵ ਦਾ ਮੁੱਦਾ ਹੈ, ਇਸ ਲਈ ਕੇਂਦਰ ਸਰਕਾਰ ਅਤੇ ਰਾਜਸਥਾਨ ਨੂੰ ਇਸ ਪ੍ਰਾਜੈਕਟ ਦੀ ਲਾਗਤ ਸਾਂਝੀ ਕਰਨੀ ਚਾਹੀਦੀ ਹੈ।

ਵਿਕਸਤ ਭਾਰਤ0 2047 ਦੇ ਦ੍ਰਿਸ਼ਟੀਕੋਣ ਨਾਲ ਪੰਜਾਬ ਦੀ ਸੁਮੇਲਤਾ ਦਾ ਦ੍ਰਿੜਤਾ ਨਾਲ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵੀ ਰੰਗਲਾ ਪੰਜਾਬ-ਇਕ ਗਤੀਸ਼ੀਲ, ਸਰਬਪੱਖੀ ਅਤੇ ਪ੍ਰਗਤੀਸ਼ੀਲ ਸੂਬੇ ਦੇ ਨਿਰਮਾਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੇ ਵਿਜ਼ਨ ਦਸਤਾਵੇਜ਼-2047 ਤਿਆਰ ਕੀਤਾ ਹੈ, ਜਿਸ ਨੂੰ ਅਸੀਂ 2023 ਵਿੱਚ ਲਾਂਚ ਕੀਤਾ ਸੀ ਜੋ ਵਿਕਸਤ ਭਾਰਤ ਦੇ ਉਦੇਸ਼ ਨਾਲ ਕਾਫ਼ੀ ਮੇਲ ਖਾਂਦਾ ਹੈ। ਉਨ੍ਹਾਂ ਕਿਹਾ ਕਿ ਵਿਕਸਤ ਪੰਜਾਬ ਦੇ ਦ੍ਰਿਸ਼ਟੀਕੋਣ ਨੂੰ ਹਾਸਲ ਕਰਨ ਲਈ 8% ਜਾਂ ਇਸ ਤੋਂ ਵੱਧ ਸਾਲਾਨਾ ਜੀ.ਡੀ.ਪੀ. ਵਿਕਾਸ ਦਾ ਟੀਚਾ ਹੈ ਜੋ ਉਦਯੋਗਿਕ ਵਿਕਾਸ ਅਤੇ ਵੱਖ-ਵੱਖ ਸੇਵਾਵਾਂ ਨੂੰ ਮੁੱਖ ਰੱਖਦਿਆਂ ਖੇਤੀਬਾੜੀ ਉਤਪਾਦਕਤਾ ਵਧਾਉਣ ਵੱਲ ਕੇਂਦਰਿਤ ਰਹੇਗਾ। ਉਨ੍ਹਾਂ ਕਿਹਾ ਕਿ ਵਪਾਰਕ ਮਾਹੌਲ ਵਿੱਚ ਸੁਧਾਰ, ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਅਤੇ ਮੁੱਖ ਖੇਤਰਾਂ ਵਿੱਚ ਨਵੀਨਤਾ ਨੂੰ ਉਤਸ਼ਾਹਿਤ ਲਈ ਢਾਂਚਾਗਤ ਸੁਧਾਰ ਜਾਰੀ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੈਲਪਲਾਈਨ ਨੰਬਰ 1076 ਰਾਹੀਂ ਨਾਗਰਿਕਾਂ ਨੂੰ 406 ਨਾਗਰਿਕ-ਕੇਂਦਰਿਤ ਸੇਵਾਵਾਂ ਉਨ੍ਹਾਂ ਦੇ ਦਰ 'ਤੇ ਹੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਇਸ ਸੁਵਿਧਾ ਨਾਲ ਭ੍ਰਿਸ਼ਟਾਚਾਰ ਲਈ ਕੋਈ ਥਾਂ ਨਹੀਂ ਬਚਦੀ ਅਤੇ ਨਾਗਰਿਕ ਵਧੇਰੇ ਸੌਖੇ ਢੰਗ ਨਾਲ ਇਹ ਸੇਵਾਵਾਂ ਹਾਸਲ ਕਰ ਸਕਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਿਹਤ ਸੰਭਾਲ ਸੇਵਾਵਾਂ ਵਿੱਚ ਮੋਹਰੀ ਸੂਬਾ ਬਣ ਕੇ ਉੱਭਰਿਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ/ਆਯੁਸ਼ਮਾਨ ਅਰੋਗਿਆ ਕੇਂਦਰਾਂ ਰਾਹੀਂ ਨਾਗਰਿਕਾਂ ਨੂੰ ਮੁਫਤ ਅਤੇ ਮਿਆਰੀ ਸਿਹਤ ਸੰਭਾਲ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਕੇਂਦਰਾਂ ਰਾਹੀਂ 3.34 ਕਰੋੜ ਤੋਂ ਵੱਧ ਮਰੀਜ਼ਾਂ ਨੇ ਇਲਾਜ ਸੇਵਾਵਾਂ ਹਾਸਲ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦੀ ਮੁੱਖ ਤਰਜੀਹ ਬੁਨਿਆਦੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨਾ ਹੈ ਤਾਂ ਕਿ ਲੋਕਾਂ ਲਈ ਵਾਜਬ ਅਤੇ ਪਹੁੰਚਯੋਗ ਸਿਹਤ ਸੰਭਾਲ ਦੀਆਂ ਸੇਵਾਵਾਂ ਯਕੀਨੀ ਬਣਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ 1.5 ਲੱਖ ਲੋਕ ਸੀਐਮ ਦੀ ਯੋਗਸ਼ਾਲਾਦੀ ਪਹਿਲਕਦਮੀ ਦਾ ਲਾਭ ਉਠਾ ਰਹੇ ਹਨ ਜੋ ਸਿਹਤ ਅਤੇ ਤੰਦਰੁਸਤੀ ਵੱਲ ਸੂਬਾ ਸਰਕਾਰ ਦੀ ਵੱਡੀ ਪੁਲਾਂਘ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੜਕ ਹਾਦਸਿਆਂ ਵਿੱਚ ਕੀਮਤੀ ਮਨੁੱਖੀ ਜਾਨਾਂ ਬਚਾਉਣ ਲਈ ਸਾਲ 2024 ਵਿੱਚ ਸੜਕ ਸੁਰੱਖਿਆ ਫੋਰਸ (ਐਸ.ਐਸ.ਐਫ.) ਦਾ ਗਠਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਫੋਰਸ ਨੂੰ 144 ਨਵੇਂ ਵਾਹਨ ਮੁਹੱਈਆ ਕਰਵਾਏ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪਹਿਲਕਦਮੀ ਦੀ ਸ਼ੁਰੂਆਤ ਤੋਂ ਬਾਅਦ ਮੌਤਾਂ ਵਿੱਚ 10 ਫੀਸਦ ਕਮੀ ਆਈ ਹੈ ਅਤੇ ਵੱਖ-ਵੱਖ ਘਟਨਾਵਾਂ ਦਾ ਸ਼ਿਕਾਰ ਹੋਏ 30,000 ਤੋਂ ਲੋਕਾਂ ਨੂੰ ਫੋਰਸ ਦੁਆਰਾ ਸਮੇਂ ਸਿਰ ਸਹਾਇਤਾ ਦਿੱਤੀ ਗਈ।

ਪੰਜਾਬ ਸਿੱਖਿਆ ਕ੍ਰਾਂਤੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਹਰ ਬੱਚੇ ਨੂੰ ਵਿਸ਼ਵ ਪੱਧਰੀ ਸਿੱਖਿਆ ਮੁਹੱਈਆ ਕਰਵਾਉਣ ਲਈ 118 ਸਕੂਲ ਆਫ਼ ਐਮੀਨੈਂਸ, 437 ਸਕੂਲ ਆਫ਼ ਹੈਪੀਨੈਸ ਅਤੇ 40 ਸਕੂਲ ਆਫ਼ ਅਪਲਾਈਡ ਲਰਨਿੰਗ ਦੀ ਸਥਾਪਨਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਉੱਦਮੀ ਸੋਚ ਪੈਦਾ ਕਰਨ ਲਈ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਬਿਜ਼ਨਸ ਬਲਾਸਟਰ ਸਕੀਮ ਸ਼ੁਰੂ ਕੀਤੀ ਹੈ। ਉਨ੍ਹਾਂ ਕਿਹਾ ਕਿ ਸਿੰਗਾਪੁਰ ਅਤੇ ਫਿਨਲੈਂਡ ਵਿੱਚ ਅਧਿਆਪਕਾਂ ਲਈ ਅੰਤਰਰਾਸ਼ਟਰੀ ਸਿਖਲਾਈ ਪ੍ਰੋਗਰਾਮ ਵੀ ਸ਼ੁਰੂ ਕੀਤੇ ਹਨ ਤਾਂ ਜੋ ਵਿਸ਼ਵ-ਵਿਆਪੀ ਅਧਿਆਪਨ ਹੁਨਰ ਨੂੰ ਅਪਣਾਇਆ ਜਾ ਸਕੇ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਪੰਜਾਬ ਦੀ ਸ਼ਾਨ ਨੂੰ ਬਹਾਲ ਕਰਨ ਲਈ ਪੰਜਾਬ ਦੇ ਹਰ ਪਿੰਡ ਵਿੱਚ ਖੇਡ ਦੇ ਮੈਦਾਨ ਅਤੇ ਇਨਡੋਰ ਜਿੰਮ ਸਥਾਪਤ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਾਰੇ 12,581 ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਉੱਚਾ ਚੁੱਕਣ ਲਈ ਵਿਆਪਕ ਸਕੀਮ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਾਰੇ ਪਿੰਡਾਂ ਵਿੱਚ 100 ਫੀਸਦ ਬਿਜਲੀਕਰਨ ਅਤੇ ਜਲ ਸਪਲਾਈ ਦੀ ਸਹੂਲਤ ਨਾਲ ਅਪਗ੍ਰੇਡ ਕੀਤਾ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੁਧਿਆਣਾ, ਅੰਮ੍ਰਿਤਸਰ, ਜਲੰਧਰ ਅਤੇ ਐਸ.ਏ.ਐਸ. ਨਗਰ (ਮੋਹਾਲੀ) ਵਿੱਚ ਵਿਸ਼ਵ ਪੱਧਰੀ ਸੜਕਾਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਮਿਊਂਸਿਪਲ ਸਰਵਿਸਿਜ਼ ਇੰਪਰੂਵਮੈਂਟ ਪ੍ਰੋਜੈਕਟ ਰਾਹੀਂ 166 ਕਸਬਿਆਂ ਅਤੇ ਸ਼ਹਿਰਾਂ ਵਿੱਚ ਸਹੂਲਤਾਂ ਸੁਧਾਰਨ ਲਈ ਸੁਹਿਰਦ ਯਤਨ ਕੀਤੇ ਜਾ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੂੰ ਦੇਸ਼ ਦੇ ਉਦਯੋਗਿਕ ਧੁਰੇ ਵਜੋਂ ਉਭਾਰਨ ਲਈ ਸੂਬਾ ਸਰਕਾਰ ਨਿਵੇਸ਼ ਪੰਜਾਬ ਤਹਿਤ ਯੂਨੀਫਾਈਡ ਰੈਗੂਲੇਟਰ ਮਾਡਲ ਨੂੰ ਮਜ਼ਬੂਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਿਵੇਸ਼ਕਾਂ ਅਤੇ ਉੱਦਮੀਆਂ ਨੂੰ ਵੱਡੇ ਪੱਧਰ ਉਤੇ ਸਹੂਲਤਾਂ ਦੇਣ ਲਈ ਕਾਰੋਬਾਰ ਦਾ ਅਧਿਕਾਰ ਐਕਟ ਦਾ ਵਿਸਥਾਰ ਕੀਤਾ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੀ ਉਦਯੋਗਿਕ ਨੀਤੀ ਨਿਰਮਾਣ ਅਤੇ ਲਾਈਟ ਇੰਜਨੀਅਰਿੰਗ, ਆਈ.ਟੀ., ਸੈਮੀਕੰਡਕਟਰ, ਆਟੋ, ਡਿਫੈਂਸ ਆਦਿ ਵਰਗੀਆਂ ਸੇਵਾਵਾਂ ਉੱਤੇ ਅਧਾਰਿਤ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸਮੂਹਿਕ ਵਿਕਾਸ ਲਈ ਵੱਡੇ ਯਤਨ ਕਰ ਰਹੀ ਹੈ, ਜਿਸ ਵਿੱਚ ਔਰਤਾਂ ਲਈ ਨੌਕਰੀਆਂ ਵਿੱਚ 33 ਫੀਸਦੀ ਰਾਖਵਾਂਕਰਨ ਅਤੇ ਸਥਾਨਕ ਸ਼ਾਸਨ ਵਿੱਚ 50 ਫੀਸਦੀ ਰਾਖਵਾਂਕਰਨ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਔਰਤਾਂ ਨੇ 13 ਕਰੋੜ ਵਾਰ ਮੁਫ਼ਤ ਬੱਸ ਸਫਰ ਦਾ ਲਾਭ ਲਿਆ ਹੈ। ਉਨ੍ਹਾਂ ਕਿਹਾ ਕਿ ਮਾਸਿਕ ਧਰਮ ਦੀ ਸਫਾਈ ਲਈ ਵਿਸ਼ੇਸ਼ ਸਕੀਮ ਸ਼ੁਰੂ ਕਰਨ ਦੇ ਨਾਲ-ਨਾਲ 20,000 ਤੋਂ ਵੱਧ ਔਰਤਾਂ ਦੀ ਸਹਾਇਤਾ ਲਈ ਸਖੀ ਕੇਂਦਰ ਬਣਾਏ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਚਾਰ ਵੱਡੇ ਸ਼ਹਿਰਾਂ ਵਿੱਚ ਕੰਮਕਾਜੀ ਔਰਤਾਂ ਲਈ ਹੋਸਟਲ ਬਣਾਏ ਗਏ ਹਨ।

ਧਾਰਾ 293 ਦੇ ਤਹਿਤ ਕਰਜ਼ਾ ਹੱਦ ਵਿੱਚ ਕਟੌਤੀਆਂ ਦੀ ਇਕਪਾਸੜ ਕਾਰਵਾਈ ਦਾ ਵਿਰੋਧ ਕਰਦੇ ਹੋਏ ਮੁੱਖ ਮੰਤਰੀ ਨੇ ਟੈਕਸਾਂ ਦੀ ਵੰਡ ਵਿੱਚ ਸੈੱਸ, ਸਰਚਾਰਜ ਅਤੇ ਚੋਣਵੇਂ ਗੈਰ-ਟੈਕਸ ਮਾਲੀਏ ਨੂੰ ਸ਼ਾਮਲ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਵਰਟੀਕਲ ਆਧਾਰ 'ਤੇ ਵੰਡ ਨੂੰ 50 ਫੀਸਦੀ ਤੱਕ ਵਧਾਉਣ ਦਾ ਪ੍ਰਸਤਾਵ ਵੀ ਰੱਖਿਆ। ਸਰਹੱਦੀ ਜ਼ਿਲ੍ਹਿਆਂ ਲਈ ਵਿਸ਼ੇਸ਼ ਉਦਯੋਗਿਕ ਪੈਕੇਜ ਦੀ ਮੰਗ ਕਰਦੇ ਹੋਏ ਉਨ੍ਹਾਂ ਕਿਹਾ ਕਿ ਪੰਜਾਬ ਦੀ ਸਰਹੱਦ ਪਾਕਿਸਤਾਨ ਨਾਲ ਲਗਦੀ ਹੋਣ ਕਾਰਨ ਸਰਹੱਦੀ ਖੇਤਰ ਵਿੱਚ ਉਦਯੋਗ ਨੂੰ ਨੁਕਸਾਨ ਹੋ ਰਿਹਾ ਹੈ। ਉਦਯੋਗਾਂ ਲਈ ਜੰਮੂ ਤੇ ਕਸ਼ਮੀਰ ਨੂੰ ਦਿੱਤੀਆਂ ਰਿਆਇਤਾਂ ਦੇ ਆਧਾਰ ਉਤੇ ਪੈਕੇਜ ਦੇਣ ਦੀ ਮੰਗ ਕਰਦੇ ਹੋਏ ਭਗਵੰਤ ਸਿੰਘ ਮਾਨ ਨੇ ਸੂਬੇ ਲਈ ਪੀ.ਐਲ.ਆਈ. ਸਕੀਮਾਂ, ਮਾਲ ਭਾੜਾ ਸਬਸਿਡੀ, ਟੈਕਸ ਰਾਹਤ, ਖੇਤੀਬਾੜੀ-ਜ਼ੋਨ ਅਤੇ ਹੋਰ ਸਹੂਲਤਾਂ ਦੀ ਮੰਗ ਕੀਤੀ।

ਮੁੱਖ ਮੰਤਰੀ ਨੇ ਸਰਹੱਦੀ ਖੇਤਰ ਦੀ ਤਰੱਕੀ ਲਈ ਬੁਨਿਆਦੀ ਢਾਂਚਾ ਗ੍ਰਾਂਟਾਂ ਦੀ ਵੀ ਮੰਗ ਕੀਤੀ ਤਾਂ ਜੋ ਛੇ ਸਰਹੱਦੀ ਜ਼ਿਲ੍ਹਿਆਂ ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ ਅਤੇ ਪਠਾਨਕੋਟ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰਾਂ ਵਿੱਚ ਸਥਿਤੀ ਸੰਵੇਦਨਸ਼ੀਲ ਹੋਣ ਦੇ ਬਾਵਜੂਦ ਸਹਾਇਤਾ ਦੀ ਘਾਟ ਹੈ ਅਤੇ 'ਗਤੀਸ਼ੀਲ ਪਿੰਡ ਸਕੀਮ' ਅਧੀਨ ਸਿਰਫ਼ 101 ਪਿੰਡ ਹੀ ਸ਼ਾਮਲ ਹਨ। ਭਗਵੰਤ ਸਿੰਘ ਮਾਨ ਨੇ ਈ.ਓ.ਸੀ., ਟਰੌਮਾ ਸੈਂਟਰ, ਬੰਕਰ, ਸਾਈਬਰ ਸੁਰੱਖਿਆ ਅਤੇ ਬੁਨਿਆਦੀ ਢਾਂਚੇ ਲਈ ਵਿਸ਼ੇਸ਼ ਗ੍ਰਾਂਟਾਂ ਦੀ ਵੀ ਮੰਗ ਕੀਤੀ।

ਕੰਡਿਆਲੀ ਵਾੜ ਅਤੇ ਸਰਹੱਦ ਦੇ ਦਰਮਿਆਨ ਜ਼ਮੀਨ ਵਾਲੇ ਕਿਸਾਨਾਂ ਨੂੰ ਮੁਆਵਜ਼ਾ ਵਧਾਉਣ ਦੀ ਮੰਗ ਕਰਦਿਆਂ ਮੁੱਖ ਮੰਤਰੀ ਨੇ ਅਪੀਲ ਕੀਤੀ ਕਿ ਇਸ ਨੂੰ ਮੌਜੂਦਾ 10,000 ਰੁਪਏ ਤੋਂ ਵਧਾ ਕੇ 30,000 ਰੁਪਏ ਪ੍ਰਤੀ ਏਕੜ ਪ੍ਰਤੀ ਸਾਲ ਮੁਆਵਜ਼ਾ ਦਿੱਤਾ ਜਾਵੇ। ਬਾਰਡਰ ਵਿੰਗ ਦੇ ਹੋਮ ਗਾਰਡਾਂ ਦੇ ਰੋਜ਼ਾਨਾ ਭੱਤੇ ਨੂੰ 45 ਰੁਪਏ ਤੋਂ ਵਧਾ ਕੇ 655 ਰੁਪਏ ਕਰਨ ਦੀ ਮੰਗ ਜ਼ੋਰ ਨਾਲ ਰੱਖਦਿਆਂ ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰਾਂ ਵਿੱਚ ਸੁਰੱਖਿਆ ਦੀ ਦੂਜੀ ਕਤਾਰ ਨੂੰ ਮਜ਼ਬੂਤ ਕਰਨ ਲਈ ਇਹ ਵਾਧਾ ਜ਼ਰੂਰੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲਾਂ ਇਹ ਅਦਾਇਗੀ ਭਾਰਤ ਸਰਕਾਰ ਦੁਆਰਾ ਕੀਤੀ ਜਾਂਦੀ ਸੀ, ਪਰ ਵਿੱਤੀ ਸਾਲ 2020-21 ਤੋਂ ਬੰਦ ਕਰ ਦਿੱਤੀ ਗਈ ਸੀ।

ਸੂਬੇ ਲਈ 2,829 ਕਰੋੜ ਰੁਪਏ ਦੀ ਗ੍ਰਾਂਟ ਦੇਣ ਦੀ ਮੰਗ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਸ਼ਾ ਤਸਕਰੀ ਨੂੰ ਰੋਕਣ ਅਤੇ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਬਣਾਉਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਫੰਡਾਂ ਦੀ ਵਰਤੋਂ ਬੁਨਿਆਦੀ ਢਾਂਚੇ, ਜੇਲ੍ਹਾਂ ਦੀ ਸੁਰੱਖਿਆ, ਨਸ਼ਾ ਛੁਡਾਊ ਪ੍ਰੋਗਰਾਮਾਂ ਅਤੇ ਹੋਰਾਂ ਕੰਮਾਂ ਲਈ ਕੀਤੀ ਜਾਵੇਗੀ। 53,000 ਤੋਂ ਵੱਧ ਗ੍ਰਿਫ਼ਤਾਰੀਆਂ ਅਤੇ 3,579 ਕਿਲੋਗ੍ਰਾਮ ਹੈਰੋਇਨ ਜ਼ਬਤ ਕੀਤੇ ਜਾਣ ਦਾ ਹਵਾਲਾ ਦਿੰਦੇ ਹੋਏ ਭਗਵੰਤ ਸਿੰਘ ਮਾਨ ਨੇ ਕੇਂਦਰ ਸਰਕਾਰ ਨੂੰ ਸੂਬੇ ਦੇ ਨਾਲ ਲਗਦੀ 553 ਕਿਲੋਮੀਟਰ ਸਰਹੱਦ 'ਤੇ ਡਰੋਨਾਂ ਦਾ ਮੁਕਾਬਲਾ ਕਰਨ ਲਈ 50 ਵਾਧੂ ਜੈਮਿੰਗ ਸਿਸਟਮ ਲਾਉਣ ਦੀ ਅਪੀਲ ਕੀਤੀ।

ਮੁੱਖ ਮੰਤਰੀ ਨੇ ਪੰਜਾਬ ਦੇ ਅਰਥਚਾਰੇ ਨੂੰ ਮੁੜ ਸੁਰਜੀਤ ਕਰਨ ਲਈ ਪੰਜਾਬ ਵਿੱਚੋਂ ਲੰਘਦੇ ਦਿੱਲੀ-ਕਟੜਾ ਐਕਸਪ੍ਰੈਸਵੇਅ ਦੇ ਨਾਲ ਆਰਥਿਕ ਕੋਰੀਡੋਰ ਵਿਕਸਤ ਕਰਨ ਦਾ ਪ੍ਰਸਤਾਵ ਪੇਸ਼ ਕੀਤਾ ਜੋ ਲੁਧਿਆਣਾ, ਜਲੰਧਰ, ਕਪੂਰਥਲਾ, ਗੁਰਦਾਸਪੁਰ, ਪਟਿਆਲਾ, ਸੰਗਰੂਰ ਅਤੇ ਮਲੇਰਕੋਟਲਾ ਵਿੱਚੋਂ ਹੋ ਕੇ ਗੁਜ਼ਰੇਗਾ। ਉਨ੍ਹਾਂ ਕਿਹਾ ਕਿ ਇਹ ਕੌਰੀਡੋਰ ਰਣਨੀਤਕ, ਉਦਯੋਗਿਕ ਅਤੇ ਲੌਜਿਸਟਿਕਸ ਹੱਬ ਵਜੋਂ ਕੰਮ ਕਰੇਗਾ, ਮੁੱਖ ਖੇਤਰਾਂ ਨੂੰ ਜੋੜੇਗਾ ਅਤੇ ਵਸਤੂਆਂ ਅਤੇ ਸੇਵਾਵਾਂ ਦੀ ਨਿਰਵਿਘਨ ਆਵਾਜਾਈ ਨੂੰ ਸੁਵਿਧਾਜਨਕ ਬਣਾਏਗਾ। ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਵਿਸ਼ੇਸ਼ ਆਰਥਿਕ ਜ਼ੋਨ (ਐਸ.ਈ.ਜ਼ੈਡ.) ਸਥਾਪਤ ਕਰਨ ਦੀ ਵੀ ਮੰਗ ਕੀਤੀ ਜੋ ਇਸ ਦੇ ਉਦਯੋਗਿਕ ਵਾਤਾਵਰਣ ਨੂੰ ਹੁਲਾਰਾ ਦੇਣ ਵਿੱਚ ਯੋਗਦਾਨ ਪਾਵੇਗਾ।

ਮੁੱਖ ਮੰਤਰੀ ਨੇ ਭਾਰਤ ਮਾਲਾ ਪ੍ਰੋਜੈਕਟ ਕੌਰੀਡੋਰ ਦੇ ਨਾਲ ਗਲੋਬਲ ਮੈਨੂਫੈਕਚਰਿੰਗ ਹੱਬ (ਜੀ.ਐਮ.ਐਚ.) ਦੀ ਵੀ ਮੰਗ ਕੀਤੀ, ਜੋ ਸੰਗਰੂਰ ਨੂੰ ਦਿੱਲੀ ਨਾਲ ਜੋੜਦਾ ਹੈ ਅਤੇ ਕਾਰੋਬਾਰ ਨੂੰ ਆਕਰਸ਼ਿਤ ਕਰਨ ਅਤੇ ਆਰਥਿਕ ਵਿਕਾਸ ਨੂੰ ਅੱਗੇ ਵਧਾਉਣ ਲਈ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ, ਸਹੂਲਤਾਂ ਅਤੇ ਸੇਵਾਵਾਂ ਪ੍ਰਦਾਨ ਕਰੇਗਾ। ਇਸੇ ਤਰ੍ਹਾਂ ਉਨ੍ਹਾਂ ਨੇ ਮੋਹਾਲੀ ਵਿੱਚ ਸਾਫਟਵੇਅਰ ਤਕਨਾਲੌਜੀ ਪਾਰਕ ਆਫ਼ ਇੰਡੀਆ ਦੇ ਵਿਸਥਾਰ ਦੀ ਵੀ ਮੰਗ ਕੀਤੀ। ਮੁੱਖ ਮੰਤਰੀ ਨੇ ਪੰਜਾਬ ਵਿੱਚ ਸਮਰਪਿਤ ਸੈਕਟਰ-ਵਿਸ਼ੇਸ਼ ਬਰਾਮਦ ਜ਼ੋਨ ਸਥਾਪਤ ਕਰਨ ਦੀ ਵੀ ਮੰਗ ਕੀਤੀ, ਜਿਸ ਵਿੱਚ ਖੇਡਾਂ ਦੇ ਸਾਮਾਨ ਲਈ ਜਲੰਧਰ, ਫੂਡ ਪ੍ਰੋਸੈਸਿੰਗ ਲਈ ਅੰਮ੍ਰਿਤਸਰ, ਟੈਕਸਟਾਈਲ ਲਈ ਲੁਧਿਆਣਾ ਅਤੇ ਆਟੋਮੋਬਾਈਲ ਪਾਰਕਾਂ ਲਈ ਮੋਹਾਲੀ ਸ਼ਾਮਲ ਹਨ। ਭਗਵੰਤ ਸਿੰਘ ਮਾਨ ਨੇ ਭਾਰਤ ਸਰਕਾਰ ਨੂੰ ਪਾਵਰਕਾਮ ਦੀ ਪਛਵਾੜਾ ਖਾਣ ਤੋਂ ਪੰਜਾਬ ਨੂੰ 100 ਫੀਸਦੀ ਬਿਜਲੀ ਸਪਲਾਈ ਕਰਨ ਵਾਲੇ ਆਈ.ਪੀ.ਪੀਜ਼ ਨੂੰ ਰਾਇਲਟੀ-ਮੁਕਤ ਕੋਲਾ ਸਪਲਾਈ ਦੀ ਆਗਿਆ ਦੇਣ ਦੀ ਵੀ ਅਪੀਲ ਕੀਤੀ।

ਖੇਤੀਬਾੜੀ ਨੂੰ ਲਾਹੇਵੰਦ ਕਿੱਤਾ ਬਣਾਉਣ ਲਈ ਫਸਲੀ ਵਿਭਿੰਨਤਾ ਦੀ ਜ਼ੋਰਦਾਰ ਵਕਾਲਤ ਕਰਦੇ ਹੋਏ ਮੁੱਖ ਮੰਤਰੀ ਨੇ ਝੋਨੇ ਦੀ ਥਾਂ ਮੱਕੀ ਲਈ 17,500 ਰੁਪਏ ਪ੍ਰਤੀ ਹੈਕਟੇਅਰ ਨਕਦ ਪ੍ਰੋਤਸਾਹਨ ਦੀ ਮੰਗ ਕੀਤੀ। ਇਸੇ ਤਰ੍ਹਾਂ ਬੀ.ਟੀ.-999 ਕਪਾਹ, ਮੈਟਿੰਗ ਡਿਸਰਪਸ਼ਨ ਤਕਨੀਕਾਂ 'ਤੇ ਸਬਸਿਡੀ ਅਤੇ ਐਗਰੋ-ਪ੍ਰੋਸੈਸਿੰਗ ਯੂਨਿਟ ਦੀ ਸਹਾਇਤਾ ਲਈ ਪ੍ਰਵਾਨਗੀ ਦੀ ਮੰਗ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਕਿਸਾਨਾਂ ਨੂੰ ਉਨ੍ਹਾਂ ਦੀ ਆਮਦਨ ਵਧਾ ਕੇ ਮੌਜੂਦਾ ਖੇਤੀਬਾੜੀ ਸੰਕਟ ਵਿੱਚੋਂ ਬਾਹਰ ਕੱਢਣਾ ਸਮੇਂ ਦੀ ਲੋੜ ਹੈ। ਉਨ੍ਹਾਂ ਨੇ ਸਟਾਕ ਲਿਫਟਿੰਗ, ਗੋਦਾਮਾਂ ਦੀ ਸਮਰੱਥਾ ਦਾ ਵਿਸਥਾਰ ਅਤੇ ਕੌਮੀ ਖੁਰਾਕ ਸੁਰੱਖਿਆ ਯੋਜਨਾ ਦੀ ਅਲਾਟਮੈਂਟ ਨੂੰ 5 ਕਿਲੋਗ੍ਰਾਮ ਤੋਂ ਵਧਾ ਕੇ 7 ਕਿਲੋਗ੍ਰਾਮ ਕਰਨ ਦੀ ਮੰਗ ਕੀਤੀ। ਮੁੱਖ ਮੰਤਰੀ ਨੇ ਅੱਗੇ ਕਿਹਾ, ਅਸੀਂ ਸਹਿਕਾਰੀ ਸੰਘਵਾਦ ਪ੍ਰਤੀ ਪੰਜਾਬ ਦੇ ਸਮਰਪਣ ਅਤੇ ਆਪਸੀ ਸਹਿਯੋਗ ਰਾਹੀਂ ਸਾਲ 2047 ਤੱਕ ਵਿਕਸਤ ਭਾਰਤ ਦੇ ਨਿਰਮਾਣ ਲਈ ਦ੍ਰਿੜਤਾ ਦਾ ਪ੍ਰਗਟਾਵਾ ਕਰਦੇ ਹਾਂ।

## ਕੇਂਦਰ ਅਤੇ ਸੂਬੇ ਮਿਲ ਕੇ ਕੰਮ ਕਰਨ

ਵਿਕਸਤ ਕਰਨ ਦਾ ਰਾਹ ਪੱਧਰਾ ਹੋਵੇਗਾ। ਨੀਤੀ ਆਯੋਗ ਦੀ ਸਿਖਰਲੀ ਸੰਸਥਾ, ਗਵਰਨਿੰਗ ਕੌਂਸਲ ਵਿੱਚ ਸਾਰੇ ਮੁੱਖ ਮੰਤਰੀ, ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਉਪ ਰਾਜਪਾਲ ਅਤੇ ਕਈ ਕੇਂਦਰੀ ਮੰਤਰੀ ਸ਼ਾਮਲ ਹੁੰਦੇ ਹਨ। ਪ੍ਰਧਾਨ ਮੰਤਰੀ ਮੋਦੀ ਨੀਤੀ ਆਯੋਗ ਦੇ ਚੇਅਰਮੈਨ ਹਨ। ਪਾਕਿਸਤਾਨ ਵਿੱਚ ਅੱਤਵਾਦੀ ਢਾਂਚਿਆਂ ਵਿਰੁੱਧ 'ਆਪ੍ਰੇਸ਼ਨ ਸਿੰਦੂਰ' ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਦੀ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਮੰਤਰੀਆਂ ਨਾਲ ਇਹ ਪਹਿਲੀ ਵੱਡੀ ਮੀਟਿੰਗ ਹੈ।

## ਅਸੀਂ ਯਕੀਨੀ ਬਣਾਵਾਂਗੇ ਕਿ

ਕੈਨੇਡਾ ਅਤੇ ਭਾਰਤ ਵਿਚਲੇ ਰਿਸ਼ਤੇ ਸੁਧਰਨ ਦੀ ਆਸ ਜਾਗੀ ਹੈ। ਹਾਲ ਹੀ ਵਿਚ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੇ ਬਿਆਨ ਵਿਚ ਇਸ ਸਬੰਧੀ ਸੰਕੇਤ ਦਿਸੇ ਹਨ। 110 ਸਾਲ ਤੋਂ ਵੱਧ ਪੁਰਾਣੀ ਕਾਮਾਗਾਟਾ ਮਾਰੂ ਘਟਨਾ 'ਤੇ ਪ੍ਰਧਾਨ ਮੰਤਰੀ ਦੀਆਂ ਟਿੱਪਣੀਆਂ ਇਸ ਗੱਲ ਵੱਲ ਇਸ਼ਾਰਾ ਕਰਦੀਆਂ ਹਨ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਕਾਰਜਕਾਲ ਵਿਚ ਭਾਰਤ-ਕੈਨੇਡਾ ਸਬੰਧਾਂ ਵਿਚ ਭਾਰੀ ਖਟਾਸ ਆ ਗਈ ਸੀ। ਹੁਣ ਕਾਰਨੀ ਨੇ ਇਸ ਪਾਸੇ ਸੁਧਾਰ ਦੀ ਉਮਦ ਜਗਾਈ ਹੈ।

## ਵਿਧਾਇਕ ਰਮਨ ਅਰੋੜਾ

ਅਰੋੜਾ ਦੇ ਘਰ ਪਹੁੰਚੀ। ਜ਼ਿਕਰਯੋਗ ਹੈ ਕਿ ਵਿਜੀਲੈਂਸ ਦੀ ਰਡਾਰ 'ਤੇ ਪੰਜਾਬ ਪੁਲਿਸ ਸਣੇ ਹੋਰ ਵਿਭਾਗਾਂ ਨਾਲ ਜੁੜੇ ਕੁਝ ਅਧਿਕਾਰੀ ਵੀ ਹਨ। ਸ਼ੁੱਕਰਵਾਰ ਨੂੰ 6 ਘੰਟਿਆਂ ਤੱਕ ਵਿਜੀਲੈਂਸ ਦੀ ਟੀਮ ਰਮਨ ਅਰੋੜਾ ਦੇ ਘਰ ਅੰਦਰ ਸਰਚ ਕਰਦੀ ਰਹੀ। ਵਿਧਾਇਕ ਰਮਨ ਅਰੋੜਾ ਉੱਤੇ ਦੋਸ਼ ਹੈ ਕਿ ਜਲੰਧਰ ਨਗਰ ਨਿਗਮ ਜ਼ਰੀਏ ਉਹ ਲੋਕਾਂ ਨੂੰ ਨੋਟਿਸ ਭਿਜਵਾਉਂਦੇ ਸਨ ਤੇ ਫਿਰ ਰੁਪਏ ਲੈ ਕੇ ਨੋਟਿਸਾਂ ਨੂੰ ਰਫਾ-ਦਫਾ ਕਰ ਦਿੰਦੇ ਸਨ।

## 'ਤਿੰਨ ਜੰਗਾਂ ਛੇੜ ਕੇ ਪਾਕਿ ਕਰ

ਵਿੱਚ ਸੈਲਾਨੀਆਂ 'ਤੇ ਹੋਇਆ ਬੇਰਹਿਮ ਅੱਤਵਾਦੀ ਹਮਲਾ ਸੀ। ਹਰੀਸ਼ ਨੇ ਕਿਹਾ ਕਿ ਭਾਰਤ ਨੇ ਇਸ ਸਮੇਂ ਦੌਰਾਨ ਅਸਾਧਾਰਨ ਧੀਰਜ ਅਤੇ ਉਦਾਰਤਾ ਦਿਖਾਈ ਹੈ, ਫਿਰ ਵੀ ਭਾਰਤ ਵਿੱਚ ਪਾਕਿਸਤਾਨ ਦੁਆਰਾ ਸਪਾਂਸਰ ਕੀਤਾ ਗਿਆ ਸਰਹੱਦ ਪਾਰ ਅੱਤਵਾਦ ਨਾਗਰਿਕਾਂ ਦੀਆਂ ਜਾਨਾਂ, ਧਾਰਮਿਕ ਸਦਭਾਵਨਾ ਅਤੇ ਆਰਥਿਕ ਖੁਸ਼ਹਾਲੀ ਨੂੰ ਨੁਕਸਾਨ ਪਹੁੰਚਾਉਣ ਦੇ ਉਦੇਸ਼ ਨਾਲ ਜਾਰੀ ਹੈ। ਹਰੀਸ਼ ਨੇ ਕਿਹਾ ਕਿ ਭਾਰਤ ਨੇ ਪਿਛਲੇ ਦੋ ਸਾਲਾਂ ਵਿੱਚ ਕਈ ਵਾਰ ਪਾਕਿਸਤਾਨ ਨੂੰ ਰਸਮੀ ਤੌਰ 'ਤੇ ਸੰਧੀ ਵਿੱਚ ਸੋਧਾਂ 'ਤੇ ਚਰਚਾ ਕਰਨ ਲਈ ਕਿਹਾ ਸੀ, ਪਰ ਇਸਲਾਮਾਬਾਦ ਇਸ ਤੋਂ ਇਨਕਾਰ ਕਰ ਰਿਹਾ ਹੈ। ਉਨ੍ਹਾਂ ਕਿਹਾ, ਪਾਕਿਸਤਾਨ ਦਾ ਰੁਕਾਵਟਵਾਦੀ ਰਵੱਈਆ ਭਾਰਤ ਦੇ ਜਾਇਜ਼ ਅਧਿਕਾਰਾਂ ਦੀ ਪੂਰੀ ਵਰਤੋਂ ਨੂੰ ਰੋਕਦਾ ਹੈ। ਹਰੀਸ਼ ਨੇ ਕਿਹਾ ਕਿ ਇਸ ਤੋਂ ਇਲਾਵਾ ਪਿਛਲੇ 65 ਸਾਲਾਂ ਵਿੱਚ ਦੂਰਗਾਮੀ ਬੁਨਿਆਦੀ ਬਦਲਾਅ ਦੇਖੇ ਗਏ ਹਨ, ਨਾ ਸਿਰਫ਼ ਸਰਹੱਦ ਪਾਰ ਅੱਤਵਾਦੀ ਹਮਲਿਆਂ ਰਾਹੀਂ ਵਧਦੀਆਂ ਸੁਰੱਖਿਆ ਚਿੰਤਾਵਾਂ ਦੇ ਮਾਮਲੇ ਵਿੱਚ ਸਗੋਂ ਸਾਫ਼ ਊਰਜਾ ਉਤਪਾਦਨ, ਜਲਵਾਯੂ ਪਰਿਵਰਤਨ ਅਤੇ ਜਨਸੰਖਿਆ ਪਰਿਵਰਤਨ ਦੀਆਂ ਵਧਦੀਆਂ ਜ਼ਰੂਰਤਾਂ ਦੇ ਮਾਮਲੇ ਵਿੱਚ ਵੀ। ਉਨ੍ਹਾਂ ਕਿਹਾ, ਪਾਣੀ ਦੀ ਵਰਤੋਂ ਅਤੇ ਸੰਚਾਲਨ ਦੀ ਕੁਸ਼ਲਤਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਡੈਮ ਦੇ ਬੁਨਿਆਦੀ ਢਾਂਚੇ ਵਿੱਚ ਤਕਨਾਲੋਜੀ ਬਦਲਾਅ ਕੀਤੇ ਗਏ ਹਨ। ਕੁਝ ਪੁਰਾਣੇ ਡੈਮਾਂ ਬਾਰੇ ਗੰਭੀਰ ਸੁਰੱਖਿਆ ਚਿੰਤਾਵਾਂ ਹਨ। ਹਰੀਸ਼ ਨੇ ਕਿਹਾ ਕਿ ਪਾਕਿਸਤਾਨ ਨੇ ਇਸ ਬੁਨਿਆਦੀ ਢਾਂਚੇ ਵਿੱਚ ਕਿਸੇ ਵੀ ਬਦਲਾਅ ਅਤੇ ਸੰਧੀ ਦੇ ਤਹਿਤ ਪ੍ਰਵਾਨਿਤ ਪ੍ਰਬੰਧਾਂ ਵਿੱਚ ਕਿਸੇ ਵੀ ਸੋਧ ਨੂੰ ਲਗਾਤਾਰ ਰੋਕਿਆ ਹੈ। ਉਨ੍ਹਾਂ ਕਿਹਾ ਕਿ 2012 ਵਿੱਚ ਅੱਤਵਾਦੀਆਂ ਨੇ ਜੰਮੂ ਅਤੇ ਕਸ਼ਮੀਰ ਵਿੱਚ ਤੁਲਬੁਲ ਨੇਵੀਗੇਸ਼ਨ ਪ੍ਰੋਜੈਕਟ 'ਤੇ ਵੀ ਹਮਲਾ ਕੀਤਾ ਸੀ। ਹਰੀਸ਼ ਨੇ ਕਿਹਾ, ਇਹ ਨਿੰਦਣਯੋਗ ਕਾਰਵਾਈਆਂ ਸਾਡੇ ਪ੍ਰੋਜੈਕਟਾਂ ਦੀ ਸੁਰੱਖਿਆ ਅਤੇ ਆਮ ਨਾਗਰਿਕਾਂ ਦੇ ਜੀਵਨ ਨੂੰ ਖ਼ਤਰਾ ਹਨ। ਉਨ੍ਹਾਂ ਕਿਹਾ, ਇਸ ਪਿਛੋਕੜ ਦੇ ਵਿਰੁੱਧ ਭਾਰਤ ਨੇ ਅੰਤ ਵਿੱਚ ਐਲਾਨ ਕੀਤਾ ਹੈ ਕਿ ਸੰਧੀ ਉਦੋਂ ਤੱਕ ਮੁਅੱਤਲ ਰਹੇਗੀ ਜਦੋਂ ਤੱਕ ਪਾਕਿਸਤਾਨ, ਅੱਤਵਾਦ ਦਾ ਗਲੋਬਲ ਕੇਂਦਰ, ਭਰੋਸੇਯੋਗ ਅਤੇ ਅਟੱਲ ਤੌਰ 'ਤੇ ਸਰਹੱਦ ਪਾਰ ਅੱਤਵਾਦ ਨੂੰ ਆਪਣਾ ਸਮਰਥਨ ਬੰਦ ਨਹੀਂ ਕਰ ਦਿੰਦਾ। ਇਹ ਸਪੱਸ਼ਟ ਹੈ ਕਿ ਇਹ ਪਾਕਿਸਤਾਨ ਹੈ ਜੋ ਸਿੰਧੂ ਜਲ ਸੰਧੀ ਦੀ ਉਲੰਘਣਾ ਕਰ ਰਿਹਾ ਹੈ। ਪਹਿਲਗਾਮ ਹਮਲੇ ਦੇ ਜਵਾਬ ਵਿੱਚ ਭਾਰਤ ਨੇ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਅੱਤਵਾਦੀ ਬੁਨਿਆਦੀ ਢਾਂਚੇ 'ਤੇ ਸਟੀਕ ਹਮਲੇ ਕੀਤੇ ਸਨ। ਇਸ ਤੋਂ ਬਾਅਦ ਪਾਕਿਸਤਾਨ ਨੇ 8, 9 ਅਤੇ 10 ਮਈ ਨੂੰ ਭਾਰਤੀ ਫੌਜੀ ਠਿਕਾਣਿਆਂ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ। ਭਾਰਤੀ ਪੱਖ ਨੇ ਪਾਕਿਸਤਾਨੀ ਕਾਰਵਾਈ ਦਾ ਸਖ਼ਤ ਜਵਾਬ ਦਿੱਤਾ। ਦੋਵਾਂ ਪਾਸਿਆਂ ਦੇ ਫੌਜੀ ਕਾਰਵਾਈਆਂ ਦੇ ਡਾਇਰੈਕਟਰ ਜਨਰਲਾਂ ਵਿਚਕਾਰ ਗੱਲਬਾਤ ਤੋਂ ਬਾਅਦ ਫੌਜੀ ਕਾਰਵਾਈਆਂ ਨੂੰ ਰੋਕਣ ਦਾ ਸਮਝੌਤਾ ਹੋਇਆ। ਹਰੀਸ਼ ਨੇ ਕਿਹਾ ਕਿ ਪਾਕਿਸਤਾਨ ਨੇ ਅੱਤਵਾਦ ਨੂੰ ਉਤਸ਼ਾਹਿਤ ਕਰਨ ਲਈ ਵਾਰ-ਵਾਰ ਨਾਗਰਿਕਾਂ ਦੀ ਢਾਲ ਦੀ ਵਰਤੋਂ ਕੀਤੀ ਹੈ।

## ਧਰਮ ਪਰਿਵਰਤਨ ਨੂੰ ਰੋਕਣ ਲਈ ਦਸਵੰਧ

ਵਿੱਚ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ, ਉੱਥੇ ਸਿਆਸਤ ਵੀ ਭਖ਼ਦੀ ਹੋਈ ਨਜ਼ਰ ਆ ਰਹੀ ਹੈ ਹਾਲਾਂਕਿ ਪੀਲੀਭੀਤ ਦੇ ਸਿੱਖ ਪਰਿਵਾਰਾਂ ਦਾ ਕਹਿਣਾ ਹੈ ਕਿ ਕੁਝ ਲੋਕ ਨੇਪਾਲ ਤੋਂ ਆ ਕੇ ਪੀਲੀਭੀਤ ਅਤੇ ਹੋਰਨਾਂ ਇਲਾਕਿਆਂ ਵਿੱਚ ਧਰਮ ਪਰਿਵਰਤਨ ਕਰਵਾ ਰਹੇ ਹਨ। ਉਧਰ 13 ਮਈ ਨੂੰ ਪੀਲੀਭੀਤ ਦੇ ਧਰਮ ਪਰਿਵਰਤਨ ਵਾਲੇ ਮਾਮਲੇ ਵਿੱਚ 8 ਨਾਮਜ਼ਦ ਅਤੇ ਕਈ ਅਣਪਛਾਤਿਆਂ ਦੇ ਵਿਰੁੱਧ ਮਾਮਲਾ ਦਰਜ ਕਰ ਕੇ ਪੁਲਿਸ ਵੱਲੋਂ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

## ਫੁੱਲਾਂ ਨਾਲ ਸਜਿਆ ਸ੍ਰੀ ਹੇਮਕੁੰਟ ਸਾਹਿਬ

ਅਤੇ ਗੋਬਿੰਦ ਧਾਮ ਤੋਂ ਚੱਲ ਕੇ ਭਲਕੇ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਵਿਖੇ ਪਹੁੰਚ ਜਾਵੇਗਾ। ਇਸ ਮੌਕੇ ਸੰਗਤਾਂ ਦਾ ਵੱਡਾ ਇਕੱਠ ਠਾਠਾਂ ਮਾਰਦਾ ਦਿਖਾਈ ਦੇਵੇਗਾ। ਦਰਬਾਰ ਸਾਹਿਬ 'ਚ ਪੰਜ ਪਿਆਰਿਆਂ ਦੀ ਅਗਵਾਈ ਵਿਚ ਕਪਾਟ ਖੁੱਲ੍ਹਣ ਤੋਂ ਬਾਅਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਹੋਵੇਗਾ। ਇਸ ਮੌਕੇ ਸੁਖਮਨੀ ਦਾ ਪਾਠ ਅਤੇ ਸ਼ਬਦ ਕੀਰਤਨ ਕੀਤਾ ਜਾਵੇਗਾ।

## ਕੌਮੀ ਲੋਕ ਅਦਾਲਤਾਂ ਦੌਰਾਨ ਪੰਜਾਬ

ਉਨ੍ਹਾਂ ਦੱਸਿਆ ਕਿ ਇਸ ਲੋਕ ਅਦਾਲਤ ਰਾਹੀਂ ਰਾਜ ਭਰ ਵਿੱਚ ਲੰਮੇ ਸਮੇਂ ਤੋਂ ਚੱਲ ਰਹੇ ਹਜਾਰਾਂ ਕੇਸ ਆਪਸੀ ਸਹਿਮਤੀ ਨਾਲ ਨਿਪਟਾਏ ਗਏ ਅਤੇ ਇਸ ਤਰ੍ਹਾਂ ਇਹ ਲੋਕ ਅਦਾਲਤ ਕੇਸਾਂ ਦਾ ਬੇਲੋੜਾ ਭਾਰ ਘਟਾਉਣ ਵਿੱਚ ਕਾਫੀ ਕਾਰਾਗਾਰ ਸਾਬਿਤ ਹੋਈ।

ਇਸ ਮੌਕੇ ਜਸਟਿਸ ਦੀਪਕ ਸਿੱਬਲ, ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾ ਅਥਾਰਟੀ ਨੇ ਰਾਜ ਭਰ ਦੇ ਨਿਆਇਕ ਅਧਿਕਾਰੀਆਂ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆ ਅਤੇ ਵਲੰਟੀਅਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਮਾਨਯੋਗ ਜਸਟਿਸ ਦੀਪਕ ਸਿੱਬਲ ਨੇ ਕਿਹਾ ਕਿ 'ਲੋਕ ਅਦਾਲਤਾਂ ਇਸ ਵਿਚਾਰ ਦਾ ਪ੍ਰਮਾਣ ਹਨ ਕਿ ਨਿਆਂ ਵਿੱਚ ਦੇਰੀ ਜਾਂ ਵਿਰੋਧੀ ਹੋਣ ਦੀ ਜ਼ਰੂਰਤ ਨਹੀਂ ਹੈ। ਇਹ ਦੇਖ ਕੇ ਖੁਸ਼ੀ ਹੁੰਦੀ ਹੈ ਕਿ ਪੰਜਾਬ ਦੇ ਲੋਕ ਨਿਆਂ ਪ੍ਰਦਾਨ ਕਰਨ ਦੇ ਇਸ ਸਹਿਯੋਗੀ ਢੰਗ ਨੂੰ ਅਪਣਾਉਂਦੇ ਹਨ।

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਰਾਜ ਭਰ ਦੀਆ ਸਾਰੀਆਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆ, ਰਾਜ ਦੇ ਸਮੂਹ ਨਿਆ ਅਧਿਕਾਰੀ, ਬਾਰ ਮੈਂਬਰਾਂ, ਪੁਲਿਸ ਅਧਿਕਾਰੀਆਂ ਅਤੇ ਸਿਵਲ ਪ੍ਰਸ਼ਾਸਨ ਦੇ ਇਸ ਲੋਕ ਅਦਾਲਤ ਵਿੱਚ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ।

## ਸੁਖਬੀਰ ਸਿੰਘ ਬਾਦਲ ਨਾਲ

ਰਹੇ ਹਨ, ਜਦੋ ਕਿ 15 ਸਾਲ ਦੇ ਕਾਰਜਕਾਲ ਦੌਰਾਨ ਭਾਜਪਾ ਨਾਲ ਭਾਈਵਾਲੀ ਦੇ ਬਾਵਜੂਦ ਇਨ੍ਹਾਂ ਕਦੇ ਇਹ ਮੱਸਲੇ ਨਹੀਂ ਚੁਕੇ। ਉਨ੍ਹਾਂ ਸਿਖ ਕੌਮ ਨੂੰ ਇਨ੍ਹਾਂ ਆਗੂਆਂ ਨੂੰ ਮੂੰਹ ਨਾ ਲਗਾਉਂਣ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਸਖਤ ਚੁਣੌਤੀਆਂ ਹਨ, ਸਾਡੇ ਬੱਚਿਆਂ ਦੀ ਪੈਦਾਇਸ਼ ਘੱਟ ਗਈ ਜਦੋ ਕਿ ਗੁਆਢੀ ਸੂਬਿਆਂ ਤੋਂ ਵੱਡੀ ਗਿਣਤੀ ਵਿਚ ਪ੍ਰਵਾਸੀ ਇਥੇ ਆ ਗਏ ਜੋ ਕੌਮ ਲਈ ਖਤਰੇ ਦੀ ਘੰਟੀ ਹੈ, ਪੰਜਾਬ ਦੇ ਵਪਾਰੀਆਂ ਤੋਂ ਕਰੋੜਾਂ ਰੁਪਏ ਦੀਆਂ ਫ਼ਰੌਤੀਆਂ ਮੰਗੀਆਂ ਜਾ ਰਹੀਆਂ ਹਨ, ਜਿਸ ਪ੍ਰਤੀ ਸਰਕਾਰ ਅਤੇ ਪੁਲਿਸ ਖਾਮੋਸ਼ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਅਤੇ ਹੋਰ ਮੱਸਲਿਆਂ ਦੇ ਹੱਲ ਲਈ ਖੇਤਰੀ ਪਾਰਟੀ ਦੀ ਮਜਬੂਤੀ ਦੀ ਜਰੂਰਤ ਸੀ, ਜਿਸ ਕਾਰਨ ਹੀ ਉਨ੍ਹਾਂ 7 ਮੈਂਬਰੀ ਕਮੇਟੀ ਦਾ ਗਠਨ ਕੀਤਾ ਸੀ ਲੇਕਿਨ ਬਾਦਲ ਦਲੀਆਂ ਨੇ ਇਸ ਤੋਂ ਪਾਸਾ ਵੱਟ ਕੇ ਸਿੱਖ ਪੰਥ ਅਤੇ ਕੌਮ ਨਾਲ ਵੱਡਾ ਧੋਖਾ ਕੀਤਾ ਹੈ। ਸਾਬਕਾ ਸਾਂਸਦ ਪ੍ਰੋਫ਼ੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਸਮਾਂ ਸੀ ਕਿ ਦਿਲੀ ਸ਼੍ਰੋਮਣੀ ਅਕਾਲੀ ਦਲ ਤੋਂ ਕੰਬਦੀ ਸੀ। ਉਨ੍ਹਾਂ ਸਮੁੱਚੀ ਇਕੱਤਰਤਾ ਤੋਂ ਹੱਥ ਖੜ੍ਹੇ ਕਰਕੇ ਪੰਥ ਅਤੇ ਪੰਜਾਬ ਦੇ ਹਿਤਾਂ ਲਈ ਬਾਦਲ ਆਉਂਣ ਵਾਲੀਆਂ ਸ਼੍ਰੋਮਣੀ ਕਮੇਟੀ ਚੋਣਾਂ ਵਿਚ ਬਾਦਲ ਦਲੀਆਂ ਨੂੰ ਲਾਂਭੇ ਕਰਨ ਦਾ ਮਤਾ ਪ੍ਰਵਾਨ ਕਰਵਾਇਆ। ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਅਕਾਲੀ ਦਲ ਦੀ ਭਰਤੀ ਮੁਹਿੰਮ ਨੂੰ ਭਰਵਾਂ ਹੁਲਾਰਾ ਮਿਲ ਰਿਹਾ ਹੈ ਕਿਉਂਕਿ ਕੌਮ ਸ੍ਰੀ ਅਕਾਲ ਤਖਤ ਸਾਹਿਬ ਨਾਲ ਜੁੜੀ ਹੋਈ ਹੈ। ਪੰਜ ਮੈਂਬਰੀ ਭਰਤੀ ਕਮੇਟੀ ਦੇ ਮੈਂਬਰ ਅਤੇ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ, ਸੰਤਾ ਸਿੰਘ ਉਮੈਦਪੁਰੀ, ਇਕਬਾਲ ਸਿੰਘ ਝੂੰਦਾ, ਗੁਰਪ੍ਰਤਾਪ ਸਿੰਘ ਵਡਾਲਾ ਅਤੇ ਸਤਵੰਤ ਕੌਰ ਨੇ ਬਾਦਲ ਦਲੀਆਂ ਦੀ ਤਿੱਖੀ ਅਲੋਚਨਾ ਕਰਦਿਆਂ 2 ਦਸੰਬਰ ਦੇ ਹੁਕਮਨਾਮੇ ਦੀ ਉਲੰਘਣਾ ਕਰਨ ਦਾ ਦੋਸ਼ ਲਾਉਂਦੇ ਹੋਏ ਸਮੁੱਚੀ ਕੌਮ ਨੂੰ ਵੱਧ ਤੋਂ ਵੱਧ ਮੈਂਬਰਸਿਪ ਮੁਹਿੰਮ ਵਿਚ ਹਿੱਸਾ ਲੈਣ ਦਾ ਸੱਦਾ ਦਿੱਤਾ। ਉਨ੍ਹਾਂ ਸਮੁੱਚੇ ਪੰਥ ਨੂੰ ਆਪਣੀਆਂ ਧੜ੍ਹੇਬੰਦੀਆਂ ਛੱਡ ਕੇ ਇਕ ਪਲੇਟਫ਼ਾਰਮ 'ਤੇ ਇਕੱਠੇ ਹੋਣ ਦੀ ਅਪੀਲ ਕੀਤੀ ਤਾਂ ਜੋਂ ਪੰਜਾਬ ਦੇ ਹਿੱਤਾਂ ਲਈ ਲੜਾਈ ਲੜੀ ਜਾ ਸਕੇ ਅਤੇ 2027 ਵਿਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਂਦੀ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਮੈਂਬਰਸਿਪ ਤੋਂ ਬਾਅਦ ਬੇਦਾਗ ਪੰਥਕ ਲੀਡਰਸਿਪ ਨੂੰ ਅੱਗੇ ਲਿਆਦਾ ਜਾਵੇਗਾ, ਜੋ ਪੰਥ ਨੂੰ ਸਰਵ ਪ੍ਰਵਾਨਿਤ ਹੋਵੇਗੀ। ਇਸ ਮੌਕੇ ਸੀਨੀਅਰ ਆਗੂ ਅਮਰਇੰਦਰ ਸਿੰਘ ਲਿਬੜ੍ਹਾ, ਰਣਬੀਰ ਸਿੰਘ ਪੂਨੀਆਂ, ਗੁਰਜੀਤ ਸਿੰਘ ਤਲਵੰਡੀ, ਸਾਬਕਾ ਵਿਧਾਇਕ ਜਸਟਿਸ ਨਿਰਮਲ ਸਿੰਘ, ਸਾਬਕਾ ਲੋਕ ਸਭਾ ਮੈਂਬਰ ਸਤਵਿੰਦਰ ਕੌਰ ਧਾਲੀਵਾਲ, ਸਾਬਕਾ ਚੇਅਰਮੈਨ ਬਲਤੇਜ ਸਿੰਘ ਮਹਿਮੂਦਪੁਰ, ਲਖਵੀਰ ਸਿੰਘ ਥਾਂਵਲਾ, ਜੱਸਾ ਸਿੰਘ ਆਹਲੂਵਾਲੀਆ ਆਦਿ ਨੇ ਸੰਬੋਧਨ ਕੀਤਾ। ਸਮਾਗਮ ਵਿਚ ਹਰਵੇਂਲ ਸਿੰਘ ਮਾਧੋਪੁਰ, ਐਡਵੋਕੇਟ ਅਮਰਜੀਤ ਸਿੰਘ ਚੀਮਾ, ਸਿਮਰਨਜੀਤ ਸਿੰਘ ਚੰਦੂਮਾਜਰਾ, ਦਲਵਾਰਾ ਸਿੰਘ ਰੰਧਾਵਾ, ਸ਼ੇਰ ਸਿੰਘ ਸਰਹਿੰਦ, ਜਗਜੀਤ ਸਿੰਘ ਕੋਹਲੀ, ਕੈਪਟਨ ਖੁਸਵੰਤ ਸਿੰਘ, ਗੁਰਮੁੱਖ ਸਿੰਘ ਸੁਹਾਗਹੇੜ੍ਹੀ, ਰਣਧੀਰ ਸਿੰਘ ਰੱਖੜਾ, ਸਤਵਿੰਦਰ ਸਿੰਘ ਟੌਹੜਾ ਅਤੇ ਰਣਧੀਰ ਸਿੰਘ ਪੂੰਨੀਆਂ ਆਦਿ ਹਾਜ਼ਰ ਸਨ।

## ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ

ਕੋਆਰਡੀਨੇਟਰ ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ ਨੂੰ ਲਗਾਇਆ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਦੇ ਓਐਸਡੀ ਸਤਬੀਰ ਸਿੰਘ ਨੇ ਦੱਸਿਆ ਕਿ ਗਠਤ ਕੀਤਾ ਗਿਆ ਵਫ਼ਦ ਜਲਦ ਹੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਜਾ ਕੇ ਤਖ਼ਤ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਪੰਜ ਪਿਆਰੇ ਸਾਹਿਬਾਨ ਗੱਲਬਾਤ ਕਰੇਗਾ।

## ਪੰਜਾਬ 'ਚ ਹਨ੍ਹੇਰੀ-ਝੱਖੜ ਕਾਰਨ

ਲੋਕਾਂ ਨੂੰ ਘਰਾਂ ਵਿੱਚ ਰਹਿਣ ਦੀ ਅਪੀਲ ਕੀਤੀ ਗਈ ਹੈ ਅਤੇ ਬਚਾਅ ਟੀਮਾਂ ਨੂੰ ਤਾਇਨਾਤ ਕੀਤਾ ਗਿਆ ਹੈ। ਹੁਣ ਤੱਕ ਕਿਸੇ ਜਾਨੀ ਨੁਕਸਾਨ ਦੀ ਪੁਸ਼ਟੀ ਨਹੀਂ ਹੋਈ, ਪਰ ਵੱਡੇ ਪੱਧਰ 'ਤੇ ਨੁਕਸਾਨ ਹੋਣ ਦੀ ਆਸ਼ੰਕਾ ਜਤਾਈ ਜਾ ਰਹੀ ਹੈ।

## 8 ਦਿਨ ਪਹਿਲਾਂ ਹੀ

ਵਧਿਆ। ਇਸ ਦੇ ਅੱਜ ਹੀ ਤਾਮਿਲਨਾਡੂ ਅਤੇ ਕਰਨਾਟਕ ਦੇ ਕਈ ਇਲਾਕਿਆਂ ਵਿੱਚ ਪਹੁੰਚਣ ਦੀ ਸੰਭਾਵਨਾ ਹੈ। ਇਸ ਦੇ ਨਾਲ ਹੀ, ਇਹ ਇੱਕ ਹਫ਼ਤੇ ਵਿੱਚ ਦੇਸ਼ ਦੇ ਦੱਖਣੀ ਅਤੇ ਉੱਤਰ-ਪੂਰਬੀ ਸੂਬਿਆਂ ਨੂੰ ਕਵਰ ਕਰ ਸਕਦਾ ਹੈ। 4 ਜੂਨ ਤੱਕ ਮੱਧ ਅਤੇ ਪੂਰਬੀ ਭਾਰਤ ਪਹੁੰਚ ਜਾਵੇਗਾ। ਮੌਸਮ ਵਿਭਾਗ ਨੇ 24 ਮਈ ਲਈ ਦੋ ਤਰ੍ਹਾਂ ਦੇ ਰੈੱਡ ਅਲਰਟ ਜਾਰੀ ਕੀਤੇ ਹਨ। ਪਹਿਲਾ ਭਾਰੀ ਮੀਂਹ ਦਾ ਹੈ ਅਤੇ ਦੂਜਾ ਬਹੁਤ ਜ਼ਿਆਦਾ ਗਰਮੀ ਦਾ।

ਗੁਜਰਾਤ, ਗੋਆ, ਮਹਾਰਾਸ਼ਟਰ, ਕਰਨਾਟਕ ਅਤੇ ਕੇਰਲ ਦੇ ਤੱਟਵਰਤੀ ਇਲਾਕਿਆਂ ਵਿੱਚ 200 ਮਿਲੀਮੀਟਰ ਤੱਕ ਬਾਰਿਸ਼ ਹੋ ਸਕਦੀ ਹੈ। ਇਨ੍ਹਾਂ ਸੂਬਿਆਂ ਵਿੱਚ ਅਗਲੇ ਸੱਤ ਦਿਨਾਂ ਤੱਕ ਭਾਰੀ ਬਾਰਿਸ਼ ਹੋ ਸਕਦੀ ਹੈ।

## ਮਹਾਰਾਸ਼ਟਰ 'ਚ ਕੋਵਿਡ ਦੇ ਮਰੀਜ਼ ਦੀ ਮੌਤ,

ਪੀੜਤ 21 ਸਾਲਾ ਵਿਅਕਤੀ ਦੀ ਮੌਤ ਹੋ ਗਈ। ਹਸਪਤਾਲ ਦੇ ਸੁਪਰਡੈਂਟ ਡਾ.ਅਨਿਰੁੱਧ ਮਾਲਗਾਓਂਕਰ ਨੇ ਕਿਹਾ ਕਿ ਉਸਨੂੰ ਵੀਰਵਾਰ ਨੂੰ ਸ਼ੂਗਰ ਨਾਲ ਸਬੰਧਤ ਗੰਭੀਰ ਉਲਝਣਾਂ ਕਾਰਨ ਦਾਖਲ ਕਰਵਾਇਆ ਗਿਆ ਸੀ ਅਤੇ ਸ਼ੁੱਕਰਵਾਰ ਰਾਤ ਨੂੰ ਉਸਦਾ ਕੋਵਿਡ-19 ਟੈਸਟ ਪਾਜ਼ਿਟਿਵ ਆਇਆ। ਉਨ੍ਹਾਂ ਦੱਸਿਆ ਕਿ ਹਸਪਤਾਲ ਵਿੱਚ ਕੋਵਿਡ-19 ਦੇ ਮਰੀਜ਼ਾਂ ਲਈ 19 ਬਿਸਤਰਿਆਂ ਵਾਲਾ ਵਾਰਡ ਬਣਾਇਆ ਗਿਆ ਹੈ ਅਤੇ ਇਹ ਆਰਟੀ-ਪੀ.ਸੀ.ਆਰ. ਟੈਸਟਿੰਗ ਸਹੂਲਤਾਂ ਨਾਲ ਲੈਸ ਹੈ।

# ਜੰਮੂ-ਕਸ਼ਮੀਰ 'ਚ ਪਾਕਿ ਗੋਲ਼ੀਬਾਰੀ ਦੇ ਪੀੜਤਾਂ ਨੂੰ ਮਿਲੇ ਰਾਹੁਲ

### ਪਰਿਵਾਰਾਂ ਦਾ ਹੌਸਲਾ ਵਧਾਇਆ; ਪੜ੍ਹਨ ਲਿਖਣ ਲਈ ਪ੍ਰੇਰਿਆ



ਸ੍ਰੀਨਗਰ, 24 ਮਈ (ਚ.ਨ.ਸ.) : ਰਾਹੁਲ ਗਾਂਧੀ ਜੰਮੂ-ਕਸ਼ਮੀਰ ਦੇ ਪੁੰਛ ਪਹੁੰਚ ਗਏ ਹਨ। ਉਹ ਇੱਥੇ ਪਾਕਿਸਤਾਨੀ ਗੋਲੀਬਾਰੀ ਵਿਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨੂੰ ਮਿਲੇ ਰਹੇ ਹਨ। ਉਨ੍ਹਾਂ ਸਕੂਲ ਦੇ ਬੱਚਿਆਂ ਨੂੰ ਵੀ ਹੌਸਲਾ ਦਿੱਤਾ ਹੈ। ਰਾਹੁਲ ਨੇ ਬੱਚਿਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਹੌਸਲਾ ਦਿੱਤਾ ਤੇ ਕਿਹਾ ਕਿ ਮੈਂ ਤੁਹਾਨੂੰ ਬਹੁਤ ਪਿਆਰ ਕਰਦਾ ਹਾਂ। ਸਭ ਕੁੱਝ ਜਲਦੀ ਠੀਕ ਹੋ ਜਾਵੇਗਾ। ਇਨ੍ਹਾਂ ਹਾਲਾਤਾਂ ਵਿੱਚੋਂ ਬਾਹਰ ਆਉਣ ਲਈ ਤੁਹਾਨੂੰ ਸਖ਼ਤ ਪੜ੍ਹਾਈ ਕਰਨੀ ਚਾਹੀਦੀ ਹੈ ਤੇ ਬਹੁਤ ਸਾਰੀਆਂ ਖੇਡਾਂ ਖੇਡਣੀਆਂ ਚਾਹੀਦੀਆਂ ਹਨ ਅਤੇ ਸਕੂਲ ਵਿੱਚ ਬਹੁਤ ਸਾਰੇ ਦੋਸਤ ਬਣਾਉਣੇ ਚਾਹੀਦੇ ਹਨ। 22 ਅਪ੍ਰੈਲ ਨੂੰ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਰਾਹੁਲ ਦਾ ਇਹ ਦੂਜਾ ਦੌਰਾ ਹੈ।

ਇਸ ਤੋਂ ਪਹਿਲਾਂ ਰਾਹੁਲ 25 ਅਪ੍ਰੈਲ ਨੂੰ ਸ੍ਰੀਨਗਰ ਪਹੁੰਚੇ ਸਨ। ਇੱਥੇ ਉਹ ਮੁੱਖ ਮੰਤਰੀ ਉਮਰ ਅਬਦੁੱਲਾ, ਐਲਜੀ ਮਨੋਜ ਸਿਨਹਾ ਅਤੇ ਜ਼ਖ਼ਮੀਆਂ ਨਾਲ ਮਿਲੇ ਸਨ। ਦੱਸਣਯੋਗ ਹੈ ਕਿ ਭਾਰਤੀ ਹਵਾਈ ਸੈਨਾ ਨੇ ਪਹਿਲਗਾਮ ਅਤਿਵਾਦੀ ਹਮਲੇ ਵਿਰੁੱਧ ਅਪ੍ਰੇਸ਼ਨ ਸੰਧੂਰ ਤਹਿਤ ਕਾਰਵਾਈ ਕੀਤੀ ਸੀ। ਇਸ ਵਿਚ ਪਾਕਿਸਤਾਨ ਅਤੇ ਪੀਓਕੇ ਵਿੱਚ 9 ਅੱਤਵਾਦੀ ਠਿਕਾਣਿਆਂ 'ਤੇ ਹਵਾਈ ਹਮਲੇ ਕੀਤੇ ਗਏ, ਜਿਸ ਵਿਚ ਜੈਸ਼-ਏ-ਮੁਹੰਮਦ, ਲਸ਼ਕਰ-ਏ-ਤੋਇਬਾ ਅਤੇ ਹਿਜ਼ਬੁਲ ਮੁਜਾਹਿਦੀਨ ਨਾਲ ਸਬੰਧਤ 100 ਅੱਤਵਾਦੀ ਮਾਰੇ ਗਏ ਸਨ। ਇਸ ਹਮਲੇ ਤੋਂ ਬਾਅਦ ਪਾਕਿਸਤਾਨ ਵੱਲੋਂ ਸਰਹੱਦ ਪਾਰ ਤੋਂ ਗੋਲੀਬਾਰੀ ਕੀਤੀ ਗਈ। ਪਾਕਿਸਤਾਨ ਦੀ ਗੋਲਾਬਾਰੀ, ਮਿਜ਼ਾਈਲਾਂ ਤੇ ਡਰੋਨ ਹਮਲਿਆਂ ਵਿੱਚ ਜੰਮੂ ਕਸ਼ਮੀਰ ਦੇ 27 ਲੋਕ ਮਾਰੇ ਗਏ ਤੇ 70 ਤੋਂ ਵੱਧ ਜ਼ਖ਼ਮੀ ਹੋ ਗਏ ਸਨ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

# ਕੇਰਲਾ ਦੇ ਖੇਤੀਬਾੜੀ ਮੰਤਰੀ ਵੱਲੋਂ ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦੇ ਦਫ਼ਤਰ ਦਾ ਦੌਰਾ



ਚੰਡੀਗੜ੍ਹ, 24 ਮਈ, (ਚ.ਨ.ਸ.) : ਕੇਰਲਾ ਸਰਕਾਰ ਦੇ ਖੇਤੀਬਾੜੀ ਮੰਤਰੀ ਸ੍ਰੀ ਪੀ. ਪ੍ਰਸਾਦ ਨੇ ਆਪਣੇ ਪੰਜਾਬ ਦੌਰੇ ਦੌਰਾਨ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਦਫਤਰ ਦਾ ਦੌਰਾ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਸ੍ਰੀ ਬਾਲ ਮੁਕੰਦ ਸ਼ਰਮਾ ਨੇ ਦੱਸਿਆ ਕਿ ਕੇਰਲ ਦੇ ਖੇਤੀਬਾੜੀ ਮੰਤਰੀ ਦੇ ਦੌਰੇ ਦੌਰਾਨ ਹੋਈ ਚਰਚਾ ਦਾ ਮੁੱਖ ਮੁੱਦਾ ਦੋਵਾਂ ਰਾਜਾਂ ਵਿੱਚ ਮਿਡ ਡੇ ਮੀਲ ਸਕੀਮ ਵਿਚ ਹੋਰ ਸੁਧਾਰ ਕਰਨ ਦੀ ਦਿਸ਼ਾ ਵਿੱਚ ਕੀਤੇ ਜਾਣ ਵਾਲੇ ਕੰਮਾਂ ਬਾਰੇ ਚਰਚਾ ਕੀਤੀ ਗਈ।

ਸ੍ਰੀ ਸ਼ਰਮਾ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਚਲਾਈ ਜਾ ਰਹੀ ਮਿਡ ਡੇ ਮੀਲ ਸਕੀਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ, ਜਿਸਦੀ ਕੇਰਲਾ ਦੇ ਖੇਤੀਬਾੜੀ ਮੰਤਰੀ ਨੇ ਬਹੁਤ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੇ ਆਪਣੇ ਰਾਜ ਵਿੱਚ ਮਿਡ ਡੇ ਮੀਲ ਸਕੀਮ ਬਾਰੇ ਜਾਣਕਾਰੀ ਦਿੱਤੀ। ਚੇਅਰਮੈਨ ਨੇ ਪੰਜਾਬ ਵਿੱਚ ਖੁਰਾਕ ਸੁਰੱਖਿਆ ਦੇ ਨਾਲ-ਨਾਲ ਪੋਸ਼ਣ ਸੁਰੱਖਿਆ ਦਾ ਹਵਾਲਾ ਦਿੰਦੇ ਹੋਏ ਨਵੇਂ ਨਿਰਦੇਸ਼ਾਂ ਬਾਰੇ ਦੱਸਿਆ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਸਕੂਲਾਂ ਵਿੱਚ ਪੌਸ਼ਟਿਕ ਰਸੋਈ ਬਾਗਾਂ ਅਤੇ ਜੜੀ-ਬੂਟੀਆਂ ਦੇ ਪੌਦਿਆਂ ਨੂੰ ਵਧਾਉਣਾ ਰਾਜ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ।

ਚੇਅਰਮੈਨ ਵੱਲੋਂ ਦੱਸਿਆ ਗਿਆ ਕਿ ਕਮਿਸ਼ਨ ਦੇ ਸਾਰੇ ਮੈਂਬਰ ਨਿਯਮਿਤ ਤੌਰ 'ਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਮਿਡ ਡੇ ਮੀਲ, ਆਂਗਣਵਾੜੀਆਂ ਅਤੇ ਅਨਾਜ ਵੰਡ ਦੀ ਜਾਂਚ ਦਾ ਦੌਰਾ ਕਰਨ ਜਾਂਦੇ ਹਨ। ਹੁਣ ਸਾਰੇ ਮੈਂਬਰਾਂ ਨੂੰ ਪੀਣ ਵਾਲੇ ਪਾਣੀ ਦੀ ਗੁਣਵੱਤਾ ਦੀ ਜਾਂਚ ਕਰਨ ਲਈ ਪਾਣੀ ਦੇ ਨਮੂਨੇ ਵਾਲੀਆਂ ਮਸ਼ੀਨਾਂ ਅਤੇ ਅਨਾਜ ਵਿੱਚ ਨਮੀ ਦੀ ਮਾਤਰਾ ਦੀ ਜਾਂਚ ਕਰਨ ਲਈ ਨਮੀ ਮੀਟਰ ਜਾਰੀ ਕੀਤੇ ਗਏ ਹਨ।

ਇਸ ਮੌਕੇ ਕਮਿਸ਼ਨ ਦੇ ਚੇਅਰਮੈਨ ਸ੍ਰੀ ਬਾਲ ਮੁਕੰਦ ਸ਼ਰਮਾ, ਸ੍ਰੀਮਤੀ ਪ੍ਰੀਤੀ ਚਾਵਲਾ, ਮੈਂਬਰ ਅਤੇ ਸ੍ਰੀ ਕਮਲ ਕੁਮਾਰ ਗਰਗ ਮੈਂਬਰ ਸਕੱਤਰ ਵੱਲੋਂ ਕੇਰਲ ਦੇ ਖੇਤੀਬਾੜੀ ਮੰਤਰੀ ਸ੍ਰੀ ਪੀ ਪ੍ਰਸ਼ਾਦ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ।

# ਪੰਜਾਬ ਸਰਕਾਰ ਵੱਲੋਂ ਸਕੂਲਜ਼ ਆਫ਼ ਐਮੀਨੈਂਸ ਦੇ 9ਵੀਂ ਜਮਾਤ ਦੇ ਵਿਦਿਆਰਥੀਆਂ ਲਈ 3-ਰੋਜ਼ਾ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਗ਼ਾਜ਼

## ਇਸ ਪਹਿਲ ਦਾ ਉਦੇਸ਼ ਸੁਨਹਿਰੀ ਭਵਿੱਖ ਲਈ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਉਣਾ : ਬੈਂਸ



ਚੰਡੀਗੜ੍ਹ, 24 ਮਈ, (ਚ.ਨ.ਸ.) : ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਵਿਦਿਆਰਥੀਆਂ ਦੇ ਵਿਅਕਤੀਗਤ ਵਿਕਾਸ ਅਤੇ ਉਨ੍ਹਾਂ ਨੂੰ ਸਕੂਲ ਆਫ਼ ਐਮੀਨੈਂਸ (ਐਸ.ਓ.ਈ.) ਈਕੋਸਿਸਟਮ ਨਾਲ ਜੋੜਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਨੇ ਅਕਾਦਮਿਕ ਸੈਸ਼ਨ 2025-26 ਲਈ ਸਕੂਲਜ਼ ਆਫ਼ ਐਮੀਨੈਂਸ ਵਿੱਚ 9ਵੀਂ ਜਮਾਤ ਵਿੱਚ ਦਾਖ਼ਲਾ ਲੈਣ ਵਾਲੇ ਵਿਦਿਆਰਥੀਆਂ ਵਾਸਤੇ ਆਪਣੀ ਕਿਸਮ ਦਾ ਪਹਿਲਾ ਤਿੰਨ-ਰੋਜ਼ਾ ਓਰੀਐਂਟੇਸ਼ਨ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ 26 ਤੋਂ 28 ਮਈ, 2025 ਤੱਕ ਉਲੀਕਿਆ ਗਿਆ ਇਹ ਓਰੀਐਂਟੇਸ਼ਨ ਪ੍ਰੋਗਰਾਮ ਵਿਦਿਆਰਥੀਆਂ ਨੂੰ ਐਸ.ਓ.ਈ. ਈਕੋਸਿਸਟਮ ਨਾਲ ਏਕੀਕ੍ਰਿਤ ਹੋਣ ਵਿੱਚ ਮੱਦਦ ਕਰੇਗਾ ਅਤੇ ਅਗਲੇ ਦੋ ਸਾਲਾਂ ਵਿੱਚ ਉਨ੍ਹਾਂ ਦੇ ਵਿਅਕਤੀਗਤ ਵਿਕਾਸ ਲਈ ਇੱਕ ਮਜ਼ਬੂਤ ਆਧਾਰ ਤਿਆਰ ਕਰੇਗਾ। ਇਸ ਦੇ ਨਾਲ ਹੀ ਇਹ ਪ੍ਰੋਗਰਾਮ ਮੁਕਾਬਲੇ ਦੀਆਂ ਪ੍ਰੀਖਿਆਵਾਂ ਅਤੇ ਕਰੀਅਰ ਬਾਰੇ ਵਿਹਾਰਕ ਸੂਝ ਪ੍ਰਦਾਨ ਕਰੇਗਾ।

ਇਸ ਪ੍ਰੋਗਰਾਮ ਦੀਆਂ ਮੁੱਖ ਵਿਸ਼ੇਸ਼ਤਾਵਾਂ ਨੂੰ ਉਜਾਗਰ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸਕੂਲਜ਼ ਆਫ ਐਮੀਨੈਂਸ ਵਿੱਚ ਵਿਦਿਆਰਥੀਆਂ ਲਈ ਕੈਬਨਿਟ ਮੰਤਰੀਆਂ, ਸੰਸਦ ਮੈਂਬਰਾਂ, ਵਿਧਾਇਕਾਂ, ਨੌਕਰਸ਼ਾਹਾਂ, ਜੱਜਾਂ, ਸੀਨੀਅਰ ਵਕੀਲਾਂ, ਡਾਕਟਰਾਂ, ਵਾਈਸ ਚਾਂਸਲਰਾਂ, ਕਾਲਜ ਪ੍ਰਿੰਸੀਪਲਾਂ, ਪ੍ਰੋਫੈਸਰਾਂ ਅਤੇ ਉਦਯੋਗ ਮੁਖੀਆਂ ਸਮੇਤ ਸੂਝਵਾਨ ਮਾਹਿਰਾਂ ਨਾਲ ਵਿਚਾਰ-ਵਟਾਂਦਰਾ ਸੈਸ਼ਨ ਕਰਵਾਏ ਜਾਣਗੇ , ਜਿਸ ਨਾਲ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਤਜ਼ਰਬਿਆਂ ਤੋਂ ਸਿੱਖਣ ਅਤੇ ਵਿਹਾਰਕ ਗਿਆਨ ਪ੍ਰਾਪਤ ਕਰਨ ਦਾ ਇੱਕ ਵਿਲੱਖਣ ਮੌਕਾ ਮਿਲੇਗਾ।

ਸਿੱਖਿਆ ਮੰਤਰੀ ਨੇ ਕਿਹਾ ਕਿ ਇਸ ਪ੍ਰੋਗਰਾਮ ਅਧੀਨ ਹੋਣਹਾਰ ਸਾਬਕਾ ਵਿਦਿਆਰਥੀਆਂ ਨੂੰ ਸਕੂਲਜ਼ ਆਫ ਐਮੀਨੈਂਸ ਵਿੱਚ ਬੁਲਾਇਆ ਜਾਵੇਗਾ ਤਾਂ ਜੋ ਵਿਦਿਆਰਥੀ ਉਨ੍ਹਾਂ ਦੀ ਸਫ਼ਲਤਾ ਤੋਂ ਪ੍ਰੇਰਨਾ ਲੈ ਸਕਣ। ਇਸ ਨਾਲ ਉਨ੍ਹਾਂ ਨੂੰ ਭਵਿੱਖੀ ਰਣਨੀਤੀ ਤਿਆਰ ਕਰਨ, ਸਮਾਂ ਪ੍ਰਬੰਧਨ ਅਤੇ ਟੀਚਾ ਨਿਰਧਾਰਨ ਬਾਰੇ ਕੀਮਤੀ ਮਾਰਗਦਰਸ਼ਨ ਮਿਲੇਗਾ। ਇਸ ਤੋਂ ਇਲਾਵਾ ਵਿਦਿਆਰਥੀ ਰੀਡਿੰਗ ਸੈਸ਼ਨਾਂ, ਵਿਚਾਰ-ਵਟਾਂਦਰੇ ਅਤੇ ਅੰਗਰੇਜ਼ੀ ਅਖ਼ਬਾਰ ਪੜ੍ਹਨਾ ਅਤੇ ਅੱਜ ਦੀ ਮੁੱਖ ਸੁਰਖੀ"ਵਰਗੀਆਂ ਰੌਚਕ ਗਤੀਵਿਧੀਆਂ ਕਰਵਾਈਆਂ ਜਾਣਗੀਆਂ, ਜਿਸ ਨਾਲ ਉਹਨਾਂ ਦੀ ਪੜ੍ਹਨ ਵਿੱਚ ਰੁਚੀ ਅਤੇ ਬੌਧਿਕ ਉਤਸੁਕਤਾ ਨੂੰ ਹੋਰ ਵਧਾਇਆ ਜਾ ਸਕੇਗਾ।

ਵਿਦਿਆਰਥੀਆਂ ਦੇ ਕਮਿਊਨੀਕੇਸ਼ਨ ਹੁਨਰ ਨੂੰ ਹੋਰ ਨਿਖਾਰਨ ਲਈ ਇਸ ਪ੍ਰੋਗਰਾਮ ਵਿੱਚ ਡਰੀਮ ਕਰੀਅਰ, ਕਰੰਟ ਅਫੇਅਰਜ਼ ਅਤੇ ਮਾਈ ਵਿਜ਼ਨ ਫ਼ਾਰ ਪੰਜਾਬ ਵਰਗੇ ਵਿਸ਼ਿਆਂ 'ਤੇ ਭਾਸ਼ਣ ਅਤੇ ਵਿਚਾਰ-ਵਟਾਂਦਰਾ ਮੁਕਾਬਲੇ ਸ਼ਾਮਲ ਹੋਣਗੇ, ਜਿਹਨਾਂ ਦਾ ਉਦੇਸ਼ ਵਿਦਿਆਰਥੀਆਂ ਦੇ ਬੋਲਣ ਅਤੇ ਸਵੈ-ਪ੍ਰਗਟਾਵੇ ਦੇ ਹੁਨਰ ਨੂੰ ਵਧਾਉਣਾ ਹੈ। ਉਨ੍ਹਾਂ ਅੱਗੇ ਕਿਹਾ ਕਿ ਰੋਜ਼ਾਨਾ ਸਕੂਲਾਂ ਵਿੱਚ ਸਵੇਰ ਦੀ ਸਭਾ ਵਿੱਚ ਅਹਿਮ ਗਤੀਵਿਧੀਆਂ ਕਰਵਾਈਆਂ ਜਾਣਗੀਆਂ ਜੋ ਆਤਮ-ਵਿਸ਼ਵਾਸ ਅਤੇ ਅਨੁਸ਼ਾਸਨ ਵਰਗੇ ਵਿਸ਼ਿਆਂ 'ਤੇ ਕੇਂਦ੍ਰਿਤ ਹੋਣਗੀਆਂ, ਜਿਸ ਵਿੱਚ ਪ੍ਰੇਰਣਾਦਾਇਕ ਹਵਾਲੇ ਅਤੇ ਵਿਚਾਰ-ਵਟਾਂਦਰਾ ਸਬੰਧੀ ਸੰਵਾਦ ਸ਼ਾਮਲ ਹੋਵੇਗਾ।

ਇਸ ਪਹਿਲਕਦਮੀ ਦੇ ਹਿੱਸੇ ਵਜੋਂ ਵਿਦਿਆਰਥੀ 'ਮੇਕ ਯੂਅਰ ਸਮਰ ਕਾਊਂਟ' ਸੈਸ਼ਨ ਵਿੱਚ ਹਿੱਸਾ ਲੈਣਗੇ, ਜਿਸ ਤਹਿਤ ਉਹ ਗਰਮੀਆਂ ਦੀਆਂ ਛੁੱਟੀਆਂ ਦੇ ਟੀਚੇ ਨਿਰਧਾਰਤ ਕਰਨਗੇ, ਅਧਿਐਨ ਦੇ ਘੰਟਿਆਂ ਨੂੰ ਟਰੈਕ ਕਰਨਗੇ ਅਤੇ ਸਮਰ ਐਕਟੀਵਿਟੀ ਚੈਲੇਂਜ ਚਾਰਟ ਦੀ ਪੜਚੋਲ ਕਰਨਗੇ। ਅਧਿਆਪਕਾਂ ਦੇ ਮਾਰਗਦਰਸ਼ਨ ਨਾਲ ਵਿਦਿਆਰਥੀ ਆਪਣੀਆਂ ਗਰਮੀਆਂ ਦੀਆਂ ਛੁੱਟੀਆਂ ਸਬੰਧੀ ਯੋਜਨਾਵਾਂ ਤਿਆਰ ਕਰਨਗੇ, ਜਿਸ ਨਾਲ ਉਹਨਾਂ ਵਿੱਚ ਟੀਚਾ ਅਤੇ ਦਿਸ਼ਾ ਤੈਅ ਕਰਨ ਦੀ ਭਾਵਨਾ ਪੈਦਾ ਹੋਵੇਗੀ।

ਸ. ਬੈਂਸ ਨੇ ਕਿਹਾ ਕਿ ਇਹ ਪ੍ਰੋਗਰਾਮ ਸਕੂਲ ਆਫ਼ ਐਮੀਨੈਂਸ ਦੀ ਸੰਪੂਰਨ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜਿਸਦਾ ਉਦੇਸ਼ ਅਕਾਦਮਿਕ ਉੱਤਮਤਾ ਅਤੇ ਨਿੱਜੀ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ। ਉਹਨਾਂ ਕਿਹਾ ਕਿ ਸਬੰਧਤ ਸਕੂਲ ਆਫ ਐਮੀਨੈਂਸ ਦੇ ਪ੍ਰਿੰਸੀਪਲ ਇਸ ਪ੍ਰੋਗਰਾਮ ਦੀ ਪ੍ਰਗਤੀ ਦੀ ਨਿਗਰਾਨੀ ਕਰਨਗੇ ਅਤੇ ਉਨ੍ਹਾਂ ਨੂੰ ਇੱਕ ਗੂਗਲ ਫਾਰਮ ਲਿੰਕ ਆਨਲਾਈਨ ਭੇਜਿਆ ਗਿਆ ਹੈ। ਉਹ ਸਕੂਲ ਸਿੱਖਿਆ ਵਿਭਾਗ ਨੂੰ ਇਸ ਪ੍ਰੋਗਰਾਮ ਬਾਰੇ ਅਪਡੇਟਸ, ਫੋਟੋਆਂ ਅਤੇ ਕਰਵਾਏ ਜਾਣ ਵਾਲੇ ਸੈਸ਼ਨਾਂ ਦੇ ਵੇਰਵੇ ਸਾਂਝੇ ਕਰਨਗੇ, ਤਾਂ ਜੋ ਸੀਨੀਅਰ ਅਧਿਕਾਰੀ ਇਸ ਪ੍ਰੋਗਰਾਮ ਦੀ ਓਵਰਆਲ ਨਿਗਰਾਨੀ ਕਰ ਸਕਣ।

# 'ਯੁੱਧ ਨਸ਼ਿਆਂ ਵਿਰੁੱਧ' ਦਾ 84ਵਾਂ ਦਿਨ: 1.8 ਕਿਲੋ ਹੈਰੋਇਨ, 3.9 ਕਿਲੋ ਅਫ਼ੀਮ, 1.92 ਲੱਖ ਦੀ ਡਰੱਗ ਮਨੀ ਸਮੇਤ 183 ਨਸ਼ਾ ਤਸਕਰ ਗ੍ਰਿਫ਼ਤਾਰ

ਚੰਡੀਗੜ੍ਹ, 24 ਮਈ, (ਚ.ਨ.ਸ.) : ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ 84ਵੇਂ ਦਿਨ ਪੰਜਾਬ ਪੁਲਿਸ ਨੇ ਸ਼ਨੀਵਾਰ ਨੂੰ 183 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.8 ਕਿਲੋ ਹੈਰੋਇਨ, 3.9 ਕਿਲੋ ਅਫੀਮ ਅਤੇ 1.92 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਨਾਲ, ਮਹਿਜ਼ 84 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ ਹੁਣ 13,236 ਹੋ ਗਈ ਹੈ।

ਇਹ ਕਾਰਵਾਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਕੀਤੀ ਗਈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਗਠਨ ਵੀ ਕੀਤਾ ਹੈ।

ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ, ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 84 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1200 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 200 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 459 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਿਸ ਦੌਰਾਨ ਰਾਜ ਭਰ ਵਿੱਚ 124 ਐਫਆਈਆਰਜ਼ ਦਰਜ ਕੀਤੀਆਂ ਗਈਆਂ ।ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 475 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ ਹੈ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕਰਨ ਦੇ ਨਾਲ, ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਅੱਜ 99 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਜ਼ਿਲ੍ਹਾ ਕਚਹਿਰੀਆਂ ਵਿਖੇ ਸਾਲ ਦੀ ਦੂਜੀ ਰਾਸ਼ਟਰੀ ਲੋਕ ਅਦਾਲਤ ਲਗਾਈ



ਫਤਹਿਗੜ੍ਹ ਸਾਹਿਬ, 24 ਮਈ: (ਹਰਪ੍ਰੀਤ ਕੌਰ ਟਿਵਾਣਾ): ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਣਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸ਼੍ਰੀ ਅਰੁਣ ਗੁਪਤਾ, ਜ਼ਿਲ੍ਹਾ ਅਤੇ ਸ਼ੈਸ਼ਨ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਤਹਿਗੜ੍ਹ ਸਾਹਿਬ ਦੀ ਅਗਵਾਈ ਹੇਠ ਸ਼੍ਰੀ ਅਸ਼ੋਕ ਕੁਮਾਰ ਚੌਹਾਨ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹਾ ਕਚਹਿਰੀਆਂ, ਅਮਲੋਹ ਅਤੇ ਖਮਾਣੋ ਦੀਆਂ ਸਬ ਡਵੀਜ਼ਨ ਪੱਧਰ ਦੀਆਂ ਕਚਹਿਰੀਆਂ ਵਿੱਚ ਅੱਜ ਮਿਤੀ 24.05.2025 ਨੂੰ ਸਾਲ ਦੀ ਦੂਜੀ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਨੈਸ਼ਨਲ ਲੋਕ ਅਦਾਲਤ ਦੇ 11 ਬੈਂਚਾਂ ਵੱਲੋਂ 10918 ਕੇਸਾਂ ਦੀ ਸੁਣਵਾਈ ਹੋਈ, ਜਿਨ੍ਹਾਂ ਵਿੱਚੋਂ 9896 ਕੇਸਾਂ ਦਾ ਨਿਪਟਾਰਾ ਦੋਵਾਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਕੀਤਾ ਗਿਆ ਅਤੇ ਵਿੱਤੀ ਮਾਮਲਿਆਂ ਦੇ ਕੇਸਾਂ ਵਿੱਚ 14 ਕਰੋੜ ਰੁਪਏ ਤੋਂ ਵੱਧ ਦੀ ਰਕਮ ਦੇ ਐਵਾਰਡ ਪਾਸ ਕੀਤੇ ਗਏ।

ਇਸ ਮੌਕੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਵਧੀਕ ਮੈਂਬਰ ਸਕੱਤਰ ਸ਼੍ਰੀਮਤੀ ਜਗਦੀਪ ਕੌਰ ਵਿਰਕ ਮੌਜੂਦ ਰਹੇ ਅਤੇ ਉਨ੍ਹਾਂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਲੋਕ ਅਦਾਲਤਾਂ ਰਾਹੀਂ ਕੇਸਾਂ ਦਾ ਨਿਪਟਾਰਾ ਹੋਣ ਨਾਲ ਆਮ ਲੋਕਾਂ ਨੂੰ ਬਹੁਤ ਵੱਡੀ ਰਾਹਤ ਮਿਲਦੀ ਹੈ, ਕਿਉਂਕਿ ਇਨ੍ਹਾਂ ਲੋਕ ਅਦਾਲਤਾਂ ਵਿੱਚ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਕੇਸਾਂ ਦਾ ਨਿਪਟਾਰਾ ਕੀਤਾ ਜਾਂਦਾ ਹੈ।

# ਚੋਣ ਕਮਿਸ਼ਨ ਵੱਲੋਂ ਆਪਣੇ ਕਾਨੂੰਨੀ ਢਾਂਚੇ ਨੂੰ ਮਜ਼ਬੂਤ ਅਤੇ ਪੁਨਰਗਠਿਤ ਕਰਨ ਲਈ ਕਾਨੂੰਨੀ ਮਾਹਿਰਾਂ ਅਤੇ ਮੁੱਖ ਚੋਣ ਅਧਿਕਾਰੀਆਂ ਦੀ ਕੌਮੀ ਕਾਨਫ਼ਰੰਸ

## ਵਧੀਕ ਮੁੱਖ ਚੋਣ ਅਧਿਕਾਰੀ ਹਰੀਸ਼ ਨਈਅਰ ਨੇ ਕੀਤੀ ਪੰਜਾਬ ਦੀ ਨੁਮਾਇੰਦਗੀ



ਚੰਡੀਗੜ੍ਹ, 24 ਮਈ, (ਚ.ਨ.ਸ.) : ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਚੋਣ ਕਮਿਸ਼ਨਰਾਂ ਡਾ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਦੀ ਮੌਜੂਦਗੀ ਵਿੱਚ ਆਈ.ਆਈ.ਆਈ.ਡੀ.ਈ.ਐਮ., ਨਵੀਂ ਦਿੱਲੀ ਵਿਖੇ ਭਾਰਤੀ ਚੋਣ ਕਮਿਸ਼ਨ ਦੀ ਨੁਮਾਇੰਦਗੀ ਕਰਨ ਵਾਲੇ ਕਾਨੂੰਨੀ ਮਾਹਿਰਾਂ ਦੀ ਰਾਸ਼ਟਰੀ ਕਾਨਫਰੰਸ ਦਾ ਉਦਘਾਟਨ ਕੀਤਾ। ਭਾਰਤ ਦੀ ਸੁਪਰੀਮ ਕੋਰਟ ਅਤੇ ਦੇਸ਼ ਭਰ ਦੀਆਂ 28 ਹਾਈ ਕੋਰਟਾਂ ਦੇ ਸੀਨੀਅਰ ਵਕੀਲਾਂ ਦੇ ਨਾਲ-ਨਾਲ ਸਾਰੇ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਅਧਿਕਾਰੀਆਂ ਅਤੇ 36 ਸੀ.ਈ.ਓਜ਼. ਨੇ ਕਾਨਫਰੰਸ ਵਿੱਚ ਹਿੱਸਾ ਲਿਆ। ਪੰਜਾਬ ਦੇ ਵਧੀਕ ਮੁੱਖ ਚੋਣ ਅਧਿਕਾਰੀ ਹਰੀਸ਼ ਨਈਅਰ ਨੇ ਵੀ ਕਾਨਫਰੰਸ ਵਿੱਚ ਸ਼ਿਰਕਤ ਕੀਤੀ।

ਇਸ ਪਹਿਲਕਦਮੀ ਦਾ ਉਦੇਸ਼ ਕਮਿਸ਼ਨ ਦੇ ਕਾਨੂੰਨੀ ਢਾਂਚੇ ਨੂੰ ਮਜ਼ਬੂਤ ਅਤੇ ਪੁਨਰਗਠਿਤ ਕਰਨਾ ਹੈ ਤਾਂ ਜੋ ਸੁਚੱਜਾ ਤਾਲਮੇਲ ਕਰਕੇ ਉੱਭਰ ਰਹੀਆਂ ਚੁਣੌਤੀਆਂ ਨੂੰ ਵਧੇਰੇ ਪ੍ਰਭਾਵੀ ਢੰਗ ਨਾਲ ਨਜਿੱਠਿਆ ਜਾ ਸਕੇ। ਕਾਨਫਰੰਸ ਦੌਰਾਨ ਨਿਰਪੱਖਤਾ ਨਾਲ ਸਹਿਯੋਗ ਕਰਨ ਅਤੇ ਸੁਣਵਾਈ ਲਈ ਬਣਦੇ ਮੌਕੇ ਪ੍ਰਦਾਨ ਕਰਨ 'ਤੇ ਜ਼ੋਰ ਦਿੱਤਾ ਗਿਆ।

ਦਿਨ ਭਰ ਚੱਲੀ ਇਸ ਕਾਨਫਰੰਸ ਨੇ ਕਮਿਸ਼ਨ ਅਤੇ ਦੇਸ਼ ਭਰ ਦੇ ਪ੍ਰਮੁੱਖ ਕਾਨੂੰਨੀ ਪੇਸ਼ੇਵਰਾਂ ਵਿਚਕਾਰ ਗੱਲਬਾਤ ਅਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਲਈ ਮਹੱਤਵਪੂਰਨ ਮੰਚ ਪ੍ਰਦਾਨ ਕੀਤਾ। ਇਹ ਰਣਨੀਤਕ ਸ਼ਮੂਲੀਅਤ ਭਾਰਤ ਵਿੱਚ ਚੋਣ ਨਿਆਂ-ਸ਼ਾਸਤਰ ਦੇ ਗਤੀਸ਼ੀਲ ਦ੍ਰਿਸ਼ਟੀਕੋਣ ਨਾਲ ਆਪਣੇ ਕਾਨੂੰਨੀ ਸਰੋਤਾਂ ਨੂੰ ਇਕਸਾਰ ਕਰਨ ਵਿੱਚ ਚੋਣ ਕਮਿਸ਼ਨ ਵੱਲੋਂ ਚੁੱਕਿਆ ਇੱਕ ਅਹਿਮ ਕਦਮ ਹੈ। ਇਹ ਵਿਚਾਰ-ਵਟਾਂਦਰੇ ਕਮਿਸ਼ਨ ਦੀ ਕਾਨੂੰਨੀ ਟੀਮ ਦੀ ਤਿਆਰੀ, ਕੁਸ਼ਲਤਾ ਅਤੇ ਤਾਲਮੇਲ ਨੂੰ ਵਧਾਉਣ 'ਤੇ ਕੇਂਦ੍ਰਿਤ ਸਨ, ਜਦਕਿ ਇਸ ਦੌਰਾਨ ਚੋਣ ਸਬੰਧੀ ਕਾਨੂੰਨ, ਨਿਆਂਇਕ ਕਾਰਵਾਈਆਂ ਅਤੇ ਕਾਨੂੰਨੀ ਸੁਧਾਰਾਂ ਨਾਲ ਸਬੰਧਤ ਮੁੱਦਿਆਂ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਇਸ ਗੱਲਬਾਤ ਰਾਹੀਂ, ਕਮਿਸ਼ਨ ਨੇ ਵੱਖ-ਵੱਖ ਨਿਆਂਇਕ ਫੋਰਮਾਂ ਵਿੱਚ ਆਪਣੀ ਕਾਨੂੰਨੀ ਨੁਮਾਇੰਦਗੀ ਦੀ ਪ੍ਰਭਾਵਸ਼ੀਲਤਾ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕੀਤੀ।

ਚੋਣ ਕਮਿਸ਼ਨ ਨੇ ਸ਼ੁੱਕਰਵਾਰ ਨੂੰ ਆਈ.ਆਈ.ਆਈ.ਡੀ.ਈ.ਐਮ., ਨਵੀਂ ਦਿੱਲੀ ਵਿਖੇ ਮੁੱਖ ਚੋਣ ਅਧਿਕਾਰੀਆਂ ਦੀ ਇੱਕ ਕਾਨਫਰੰਸ ਕਰਵਾਈ। ਇਹ ਕਾਨਫਰੰਸ ਭਾਰਤੀ ਚੋਣ ਕਮਿਸ਼ਨ ਦੀਆਂ ਆਈਟੀ ਪਹਿਲਕਦਮੀਆਂ ਨੂੰ ਮਜ਼ਬੂਤ ਕਰਨ ਅਤੇ ਰੂਪਰੇਖਾ ਤਿਆਰ ਕਰਨ ਲਈ ਕਰਵਾਈ ਗਈ। ਭਾਰਤੀ ਚੋਣ ਕਮਿਸ਼ਨ ਨੇ ਸਾਲ 2025 ਵਿੱਚ ਇੱਕ ਏਕੀਕ੍ਰਿਤ ਡੈਸ਼ਬੋਰਡ, ਈਸੀਆਈਨੈਟ ਨੂੰ ਡਿਜ਼ਾਈਨ ਅਤੇ ਵਿਕਸਤ ਕਰਨ ਲਈ ਇੱਕ ਨਵੀਂ ਪਹਿਲਕਦਮੀ ਪਹਿਲਾਂ ਹੀ ਸ਼ੁਰੂ ਕਰ ਦਿੱਤੀ ਹੈ ਤਾਂ ਜੋ ਸਾਰੇ ਸਬੰਧਤ ਡੇਟਾ ਅਤੇ ਲੋੜੀਂਦੇ ਕਾਨੂੰਨੀ ਪ੍ਰਬੰਧਾਂ ਲਈ ਇੱਕ ਸਿੰਗਲ-ਵਿੰਡੋ ਪਹੁੰਚ ਪ੍ਰਦਾਨ ਕੀਤੀ ਜਾ ਸਕੇ। ਇਹ ਵਿਲੱਖਣ ਪਹਿਲਕਦਮੀ ਭਾਰਤੀ ਚੋਣ ਕਮਿਸ਼ਨ ਦੀਆਂ ਸਾਰੀਆਂ ਆਈਟੀ ਪਹਿਲਕਦਮੀਆਂ ਨੂੰ ਇੱਕੋ ਮੰਚ ਹੇਠ ਇੱਕਜੁੱਟ ਕਰੇਗੀ।

# ਜਨਰਲ ਕੈਟਾਗਰੀ ਕਮਿਸ਼ਨ ਦਾ ਚੇਅਰਮੈਨ ਅਤੇ ਮੈਂਬਰ ਲਗਾਉਣ ਦੀ ਮੰਗ ਨੇ ਫੇਰ ਫੜੀ ਰ਼ਫਤਾਰ

## ਡਿਪਟੀ ਮੇਅਰ ਬੇਦੀ ਵੱਲੋਂ ਮੁੱਖ ਮੰਤਰੀ ਨੂੰ ਲਿਖਿਆ ਪੱਤਰ



ਮੋਹਾਲੀ, 24 ਮਈ, (ਹਰਦੀਪ ਕੌਰ) : ਮੋਹਾਲੀ ਨਗਰ ਨਿਗਮ ਦੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੱਤਰ ਲਿਖ ਕੇ ਜਨਰਲ ਕੈਟਾਗਰੀ ਕਮਿਸ਼ਨ ਲਈ ਨਵੇਂ ਚੇਅਰਮੈਨ ਦੀ ਤੁਰੰਤ ਨਿਯੁਕਤੀ ਕਰਨ ਦੀ ਮੰਗ ਕੀਤੀ ਹੈ।

ਉਨ੍ਹਾਂ ਆਪਣੇ ਪੱਤਰ ਵਿੱਚ ਲਿਖਿਆ ਕਿ, ਜਿਸ ਤਰ੍ਹਾਂ ਹੋਰ ਭਾਈਚਾਰਿਆਂ ਲਈ ਵੱਖ-ਵੱਖ ਵੈਲਫੇਅਰ ਬੋਰਡ ਕਾਰਪੋਰੇਸ਼ਨਾਂ ਬਣਾਈਆਂ ਜਾਂਦੀਆਂ ਹਨ ਅਤੇ ਉਹਨਾਂ ਦੇ ਚੇਅਰਮੈਨ ਤੇ ਡਾਇਰੈਕਟਰ ਲਗਾਏ ਜਾਂਦੇ ਹਨ, ਓਸੇ ਤਰ੍ਹਾਂ ਜਨਰਲ ਵਰਗ ਦੀਆਂ ਵੀ ਅਨੇਕਾਂ ਸਮੱਸਿਆਵਾਂ ਹਨ, ਜਿਨ੍ਹਾਂ ਦੀ ਸੁਣਵਾਈ ਲਈ ਚੇਅਰਮੈਨ ਅਤੇ ਮੈਂਬਰਾਂ ਦੀ ਨਿਯੁਕਤੀ ਜ਼ਰੂਰੀ ਹੈ।

ਡਿਪਟੀ ਮੇਅਰ ਬੇਦੀ ਨੇ ਕਿਹਾ ਕਿ ਕਾਂਗਰਸ ਸਰਕਾਰ ਦੌਰਾਨ 29 ਦਸੰਬਰ 2021 ਨੂੰ ਪੰਜਾਬ ਸਟੇਟ ਕਮਿਸ਼ਨ ਫ਼ਾਰ ਜਨਰਲ ਕੈਟਾਗਰੀ ਦੀ ਸਥਾਪਨਾ ਕੀਤੀ ਗਈ ਸੀ, ਜਿਸਦਾ ਚੇਅਰਮੈਨ ਡਾ. ਨਵਜੋਤ ਸਿੰਘ ਦਾਹੀਆ ਨੂੰ ਲਾਇਆ ਗਿਆ, ਪਰ ਵਿਧਾਨ ਸਭਾ ਚੋਣਾਂ ਦੇ ਐਲਾਨ ਤੋਂ ਬਾਅਦ ਕਮਿਸ਼ਨ ਦੀ ਗਤੀਵਿਧੀ ਰੁਕ ਗਈ ਅਤੇ ਨਵੀਂ ਸਰਕਾਰ ਆਉਣ ਤੋਂ ਬਾਅਦ ਤਿੰਨ ਸਾਲ ਬੀਤ ਗਏ ਹਨ, ਪਰ ਅਜੇ ਤੱਕ ਚੇਅਰਮੈਨ ਜਾਂ ਮੈਂਬਰ ਦੀ ਨਿਯੁਕਤੀ ਨਹੀਂ ਹੋਈ।

ਉਨ੍ਹਾਂ ਦੱਸਿਆ ਕਿ ਜਨਰਲ ਵਰਗ ਦੀਆਂ ਸਮੱਸਿਆਵਾਂ — ਚਾਹੇ ਉਹ ਵਿਦਿਆਰਥੀਆਂ ਨਾਲ ਸੰਬੰਧਤ ਹੋਣ ਜਾਂ ਸੀਨੀਅਰ ਸਿਟੀਜ਼ਨ — ਉਨ੍ਹਾਂ ਦੀ ਸੁਣਵਾਈ ਕਿਤੇ ਨਹੀਂ ਹੋ ਰਹੀ। ਜੇਕਰ ਚੇਅਰਮੈਨ ਤੁਰੰਤ ਨਹੀਂ ਲਗਾਇਆ ਗਿਆ, ਤਾਂ ਇਹ ਵਰਗ ਅਣਸੁਣਿਆ ਹੀ ਰਹੇਗਾ, ਉਨ੍ਹਾਂ ਜ਼ੋਰ ਦਿੱਤਾ।

ਉਹਨਾਂ ਕਿਹਾ ਕਿ ਇਸ ਤੋਂ ਇਲਾਵਾ, ਚੰਨੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਵਜ਼ੀਫ਼ਾ ਯੋਜਨਾ' ਵੀ ਹਾਲਾਤਾਂ ਦੀ ਭੇਂਟ ਚੜ੍ਹ ਗਈ। ਜਿਸਦੇ ਲਈ 2022-23 ਦੇ ਬਜਟ ਵਿੱਚ 30 ਕਰੋੜ ਰੁਪਏ ਰਾਖਵੇਂ ਕੀਤੇ ਗਏ ਸਨ, ਪਰ 2023-24 ਵਿੱਚ ਕੋਈ ਰਕਮ ਨਹੀਂ ਰੱਖੀ ਗਈ ਅਤੇ ਇਹ ਯੋਜਨਾ ਚੁੱਪ ਚਾਪ ਰੱਦ ਕਰ ਦਿੱਤੀ ਗਈ। ਕੈਬਨਿਟ ਸਬ ਕਮੇਟੀ ਦੀ ਮੀਟਿੰਗ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਅਮਨ ਅਰੋੜਾ ਵੱਲੋਂ ਇਸ ਯੋਜਨਾ ਨੂੰ ਮੁੜ ਚਾਲੂ ਕਰਨ ਦਾ ਭਰੋਸਾ ਦਿੱਤਾ ਗਿਆ, ਪਰ ਅਜੇ ਤੱਕ ਕੋਈ ਅਮਲ ਨਹੀਂ ਹੋਇਆ।

# ਧਾਲੀਵਾਲ ਵੱਲੋਂ ਖੇਡਾਂ ਵਿੱਚ ਅੱਵਲ ਆਉਣ 'ਤੇ ਵਿਦਿਆਰਥੀਆਂ ਨੂੰ ਕੀਤਾ ਸਨਮਾਨਤ



ਅਜਨਾਲਾ, 24 ਮਈ, (ਸੁਖਦੇਵ ਸਿੰਘ ਖਾਲਸਾ) : ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਆਪਣੇ ਜੱਦੀ ਪਿੰਡ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਗਦੇਵ ਕਲਾਂ ਦੇ ਵਿਦਿਆਰਥੀਆਂ ਨੂੰ ਖੇਡਾਂ ਵਿਚ ਅਵੱਲ ਆਉਣ 'ਤੇ ਉਚੇਚੇ ਤੌਰ 'ਤੇ ਸਨਮਾਨਤ ਕਰਨ ਪਹੁਚੇ ਅਤੇ ਅਵੱਲ ਆਉਣ ਵਿਦਿਆਰਥੀਆਂ ਸਨਮਾਨਤ ਕੀਤਾ ਅਤੇ ਵਿਦਿਆਰਥੀਆਂ ਨਾਲ ਗੱਲ ਬਾਤ ਕਰਦਿਆਂ ਧਾਲੀਵਾਲ ਵੱਲੋਂ ਕਿਹਾ ਗਿਆ ਕੇ ਪੜ੍ਹਾਈ ਦੇ ਨਾਂਲ ਨਾਲ ਖੇਡਾਂ ਵੀ ਬਹੁਤ ਜਰੂਰੀ ਹਨ ਖੇਡਾਂ ਸਾਡੇ ਪੰਜਾਬ ਦਾ ਇਕ ਅਨਿੱਖੜਵਾਂ ਅੰਗ ਹਨ ਅਤੇ ਪੰਜਾਬ ਦਾ ਵਿਰਸ਼ਾ ਇਹ ਖੇਡਾਂ ਹਨ ਜਾਣਕਾਰੀ ਪ੍ਰਿੰਸੀਪਲ ਰਜਿੰਦਰ ਕੌਰ ਵੱਲੋਂ ਜਾਣਕਾਰੀ ਦੇਂਦਿਆਂ ਦੱਸਿਆ ਕਿ ਅੰਡਰ 17 ਲੜਕੇ ਤੇ ਕਰਾਟੇ ਲੜਕੀਆਂ ਵੱਲੋਂ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਵਾਲੀਬਾਲ ਅੰਡਰ 14 ਲੜਕੇ ਪਹਿਲਾ ਸਥਾਨ ਜਿਹੜਾ ਲੈਵਲ ਵਿੱਚ ਆਇਆ ਅਤੇ ਵਾਲੀਬਾਲ ਅੰਡਰਸ ਦੂਜਾ ਸਥਾਨ ਜ਼ਿਲ੍ਹੇ ਵਾਈਜ਼ ਪ੍ਰਾਪਤ ਕੀਤਾ ਤੇ ਲੜਕੀਆਂ ਵੱਲੋਂ ਕਰਾਟੇ ਵਿੱਚ ਤੀਸਰਾ ਸਥਾਨ ਬਲਾਕ ਲੈਵਲ ਵਿੱਚ ਪ੍ਰਾਪਤ ਹੋਇਆ ਇਸ ਮੌਕੇ ਸਰਪੰਚ ਮਾਸਟਰ ਸ਼ੁਬੇਗ ਸਿੰਘ ਤੋਂ ਇਲਾਵਾ ਪ੍ਰਿੰਸੀਪਲ ਰਜਿੰਦਰ ਕੌਰ, ਗੀਤੂ ਸ਼ਰਮਾ ਸਰੀਰਕ ਸਿੱਖਿਆ ਟੀਚਰ, ਗੁਰਜੀਤ ਸਿੰਘ ਪੀਟੀਆਈ, ਮਾਸਟਰ ਚੰਦਰਮੋਨ ਗੁਪਤਾ, ਜਸਪ੍ਰੀਤ ਕੌਰ, ਹਰਜੀਤ ਕੌਰ, ਗੁਰਵਿੰਦਰ ਸਿੰਘ, ਸੁਖਰਾਜ ਸਿੰਘ ਤੇ ਬਲਜੀਤ ਸਿੰਘ ਹਾਜ਼ਰ ਸਨ।

# ਮੇਅਰ ਦਾ 'ਝਾੜੂ ਪੋਚਾ' ਵਾਲਾ ਬਿਆਨ ਸ਼ਰਮਨਾਕ ਤੇ ਨਿੰਦਨਯੋਗ : ਸਰਬਜੀਤ ਸਿੰਘ ਸਮਾਣਾ



ਮੋਹਾਲੀ, 24 ਮਈ, (ਹਰਦੀਪ ਕੌਰ) : ਮੋਹਾਲੀ ਨਗਰ ਨਿਗਮ ਦੇ ਕੌਂਸਲਰ ਸਰਬਜੀਤ ਸਿੰਘ ਸਮਾਣਾ ਨੇ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ ਵੱਲੋਂ ਨਿਗਮ ਨੂੰ ਸਿਰਫ 'ਝਾੜੂ ਪੋਚਾ ਲਾਉਣ ਵਾਲਾ ਅਦਾਰਾ' ਦੱਸਣ ਵਾਲੇ ਬਿਆਨ ਦੀ ਸਖਤ ਸ਼ਬਦਾਂ ਵਿੱਚ ਨਿਖੇਦੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਬਿਆਨ ਨਗਰ ਨਿਗਮ ਦੇ ਸਨਮਾਨ 'ਤੇ ਸਿੱਧਾ ਹਮਲਾ ਹੈ ਅਤੇ ਮੋਹਾਲੀ ਦੇ ਹਜ਼ਾਰਾਂ ਵਾਸੀਆਂ ਦੀ ਮਿਹਨਤ ਅਤੇ ਭਰੋਸੇ ਦੀ ਤੌਹੀਨ ਹੈ।

ਸਰਬਜੀਤ ਸਿੰਘ ਸਮਾਣਾ ਨੇ ਕਿਹਾ, ਜੇ ਕੋਈ ਅਜਿਹਾ ਬਿਆਨ ਮੋਹਾਲੀ ਵਰਗੇ ਵਿਕਾਸਸ਼ੀਲ ਸ਼ਹਿਰ ਦੇ ਮੇਅਰ ਵੱਲੋਂ ਆਉਂਦਾ ਹੈ, ਤਾਂ ਇਹ ਸਿਰਫ਼ ਛੋਟੀ ਸੋਚ ਦੀ ਨਿਸ਼ਾਨੀ ਨਹੀਂ, ਬਲਕਿ ਮੇਅਰ ਮਨ ਰਹੇ ਹਨ ਕਿ ਉਹ ਆਪਣੇ ਕਾਰਜਕਾਲ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੇ ਹਨ।

ਉਨ੍ਹਾਂ ਕਿਹਾ ਕਿ ਮੋਹਾਲੀ ਨਗਰ ਨਿਗਮ ਸਿਰਫ਼ ਸਫਾਈ ਤੱਕ ਸੀਮਤ ਨਹੀਂ, ਬਲਕਿ ਇਹ ਪਾਰਕਾਂ ਦੀ ਡਿਵੈਲਪਮੈਂਟ, ਸੜਕਾਂ, ਸਟਰੀਟ ਲਾਈਟਾਂ, ਨਵੀਆਂ ਲਾਇਬ੍ਰੇਰੀਆਂ ਅਤੇ ਨਵੇਂ ਪ੍ਰੋਜੈਕਟਾਂ ਦੀ ਯੋਜਨਾ ਤੱਕ ਇਕ ਵੱਡੀ ਜ਼ਿੰਮੇਵਾਰੀ ਨਿਭਾਉਂਦਾ ਅਦਾਰਾ ਹੈ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਦਾ ਬਜਟ 200 ਕਰੋੜ ਤੋਂ ਵੱਧ ਹੈ, ਜਿਸਦਾ ਜ਼ਿਕਰ ਕਰਦਿਆਂ ਇਹਨੂੰ 'ਝਾੜੂ ਪੋਚਾ ਲਾਉਣ ਵਾਲਾ' ਅਦਾਰਾ ਕਹਿਣਾ ਬੇਹੱਦ ਸ਼ਰਮਨਾਕ ਹੈ।

ਉਨ੍ਹਾਂ ਅੱਗੇ ਕਿਹਾ, ਮੈਂ ਆਪਣੇ ਸਾਥੀ ਕੌਂਸਲਰਾਂ, ਸੀਨੀਅਰ ਡਿਪਟੀ ਮੇਅਰ ਅਮਰੀਕ ਸਿੰਘ ਸੋਮਲ ਅਤੇ ਡਿਪਟੀ ਮੇਅਰ ਕੁਲਜੀਤ ਬੇਦੀ ਨੂੰ ਵੀ ਅਪੀਲ ਕਰਦਾ ਹਾਂ ਕਿ ਉਹ ਆਪਣੇ ਸਟੈਂਡ ਸਪੱਸ਼ਟ ਕਰਨ ਕਿ ਕੀ ਉਹ ਮੇਅਰ ਦੇ ਇਸ ਬਿਆਨ ਨਾਲ ਸਹਿਮਤ ਹਨ?

ਉਨ੍ਹਾਂ ਮੋਹਾਲੀ ਦੇ ਨਿਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਨਗਰ ਨਿਗਮ ਦੀ ਇਜ਼ਤ ਬਚਾਉਣ ਅਤੇ ਇਸਨੂੰ ਵਿਕਸਤ ਅਦਾਰਾ ਬਣਾਈ ਰੱਖਣ ਲਈ ਉਹ ਅੱਗੇ ਵੀ ਆਵਾਜ਼ ਚੁੱਕਦੇ ਰਹਿਣਗੇ।

# ਦਿੱਲੀ ਸਿੱਖ ਗੁਰਦੁਆਰਾ ਕਮੇਟੀ ਐਕਟ ਪੰਜਾਬੀ 'ਚ ਪ੍ਰਕਾਸ਼ਤ ਕੀਤਾ ਜਾਵੇ : ਜਸਵਿੰਦਰ ਸਿੰਘ



ਨਵੀਂ ਦਿੱਲੀ, 24 ਮਈ, (ਅੰਮ੍ਰਿਤਪਾਲ ਸਿੰਘ) : ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਘੱਟ ਗਿਣਤੀ ਸੈਲ ਦੇ ਚੇਅਰਮੈਨ ਸਰਦਾਰ ਜਸਵਿੰਦਰ ਸਿੰਘ ਜੌਲੀ ਨੇ ਮੰਗ ਕੀਤੀ ਹੈ ਕਿ ਕਮੇਟੀ ਦੇ ਐਕਟ ਨੂੰ ਪੰਜਾਬੀ ਵਿੱਚ ਪ੍ਰਕਾਸ਼ਤ ਕੀਤਾ ਜਾਵੇ।

ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ, ਦਿੱਲੀ ਸਕੱਤਰੇਤ ਦੇ ਮੰਤਰੀ ਪਰਵੇਜ਼ ਸ਼ਰਮਾ ਅਤੇ ਦਿੱਲੀ ਗੁਰਦੁਆਰਾ ਚੋਣਾਂ ਦੇ ਡਾਇਰੈਕਟੋਰੇਟ ਨੂੰ ਲਿਖੇ ਪੱਤਰ ਵਿਚ ਸਰਦਾਰ ਜਸਵਿੰਦਰ ਸਿੰਘ ਜੌਲੀ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਐਕਟ 1971 ਹੁਣ ਤੱਕ ਅੰਗਰੇਜ਼ੀ ਤੇ ਹਿੰਦੀ ਵਿਚ ਹੀ ਉਪਲਬਧ ਹੈ। ਉਹਨਾਂ ਕਿਹਾ ਕਿ ਇਸ ਐਕਟ ਦਾ ਅਨੁਰੂਪ ਸਿਰਫ ਅੰਗਰੇਜ਼ੀ ਤੇ ਹਿੰਦੀ ਵਿਚ ਹੀ ਉਪਲਬਧ ਹੈ। ਉਹਨਾਂ ਕਿਹਾ ਕਿ ਪੰਜਾਬੀ ਵਿਚ ਇਸਦਾ ਉਲੱਥਾ ਉਪਲਬਧ ਨਾ ਹੋਣ ਕਾਰਣ ਅੰਗਰੇਜ਼ੀ ਤੇ ਹਿੰਦੀ ਦੇ ਇਸਦੇ ਭਾਸ਼ਾਈ ਰੂਪ ਨੂੰ ਜਾਨਣ ਵਾਲਿਆਂ ਨੂੰ ਪੰਜਾਬੀ ਭਾਸ਼ਾ ਵਿਚ ਐਕਟ ਉਪਲੱਬਧ ਨਾ ਹੋਣ ਕਾਰਨ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਕਿਹਾ ਕਿ ਇਸ ਮਾਮਲੇ ਵਿਚ ਸਿੱਖ ਕੌਮ ਨੂੰ ਭਾਰੀ ਮੁਸ਼ਕਿਲਾਂ ਦਰਪੇਸ਼ ਹਨ।

ਉਹਨਾਂ ਕਿਹਾ ਕਿ ਪੰਜਾਬੀ ਭਾਸ਼ਾ ਵਿਚ ਇਸਦਾ ਉਲੱਥਾ ਉਪਲਬਧ ਹੋਣ ਸਦਕਾ ਨਾ ਸਿਰਫ ਸਿੱਖ ਕੌਮ ਬਲਕਿ ਆਮ ਪੰਜਾਬੀ ਲੋਕਾਂ ਨੂੰ ਵੀ ਵੱਡਾ ਲਾਭ ਮਿਲੇਗਾ। ਉਹਨਾਂ ਕਿਹਾ ਕਿ ਐਕਟ ਦੇ ਮੁਤਾਬਕ ਸਾਰੀ ਕਾਰਵਾਈ ਪੰਜਾਬੀ ਵਿਚ ਹੋਣੀ ਚਾਹੀਦੀ ਹੈ ਪਰ ਅਜਿਹਾ ਹੋ ਨਹੀਂ ਰਿਹਾ।

ਉਹਨਾਂ ਕਿਹਾ ਕਿ ਇਸ ਐਕਟ ਦਾ ਉਲੱਥਾ ਪੰਜਾਬੀ ਵਿਚ ਉਪਲਬਧ ਹੋਣ ਨਾਲ ਸਮੁੱਚੇ ਪੰਜਾਬੀ ਭਾਈਚਾਰੇ ਨੂੰ ਵੱਡਾ ਲਾਭ ਮਿਲੇਗਾ।

ਪਾਠਕ ਆਪਣੇ ਹਾਕਰ ਤੋਂ ਚੜ੍ਹਦੀਕਲਾ ਦੀ ਮੰਗ ਕਰਨ

ਚੜ੍ਹਦੀਕਲਾ ਪੜ੍ਹੋ !
ਚੜ੍ਹਦੀਕਲਾ ਵਿੱਚ ਰਹੋ !!

# ਆਪ ਦੇ ਵਿਦਿਆਰਥੀ ਵਿੰਗ ਏ.ਐਸ.ਏ.ਪੀ. ਨੇ ਮੈਂਬਰਸ਼ਿਪ ਮੁਹਿੰਮ ਕੀਤੀ ਸ਼ੁਰੂ

## 8588833485 'ਤੇ ਮਿਸਡ ਕਾਲ ਕਰ ਕੇ ਕੋਈ ਵੀ ਵਿਦਿਆਰਥੀ ਸ਼ਾਮਲ ਹੋ ਸਕਦੇ




ਚੰਡੀਗੜ੍ਹ, 24 ਮਈ, (ਚ.ਨ.ਸ.) : ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਹਾਲ ਹੀ ਵਿੱਚ ਪਾਰਟੀ ਦੇ ਵਿਦਿਆਰਥੀ ਵਿੰਗ, ਐਸੋਸੀਏਸ਼ਨ ਆਫ਼ ਸਟੂਡੈਂਟਸ ਫਾਰ ਅਲਟਰਨੇਟਿਵ ਪਾਲੀਟਿਕਸ (ਏਐਸਏਪੀ) ਦੀ ਸਥਾਪਨਾ ਕੀਤੀ ਹੈ। ਹੁਣ ਪਾਰਟੀ ਨਾਲ ਜੁੜੇ ਪੰਜਾਬ ਦੇ ਵਿਦਿਆਰਥੀ ਆਗੂਆਂ ਨੇ ਵੀ ਆਪਣੇ ਸੰਗਠਨ ਨੂੰ ਅੱਗੇ ਵਧਾਉਣ ਲਈ ਮੁਹਿੰਮ ਸ਼ੁਰੂ ਕਰ ਦਿੱਤੀ ਹੈ।

ਸ਼ਨੀਵਾਰ ਨੂੰ ਪੰਜਾਬ ਯੂਨੀਵਰਸਿਟੀ ਵਿੱਚ ਪਾਰਟੀ ਨਾਲ ਜੁੜੇ ਵਿਦਿਆਰਥੀ ਆਗੂ ਨਵਲਦੀਪ ਸਿੰਘ, ਸੰਜੀਵ ਚੌਧਰੀ ਅਤੇ ਸੁਮਿਤ ਰਾਹੁਲ ਨੇ ਚੰਡੀਗੜ੍ਹ ਸਥਿਤ ਪਾਰਟੀ ਦਫ਼ਤਰ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ। ਤਿੰਨਾਂ ਵਿਦਿਆਰਥੀ ਆਗੂਆਂ ਨੇ ਚੰਡੀਗੜ੍ਹ ਅਤੇ ਪੰਜਾਬ ਦੇ ਸਾਰੇ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਏਐਸਏਪੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਅਤੇ ਇਸ ਵਿੱਚ ਸ਼ਾਮਲ ਹੋਣ ਲਈ ਇੱਕ ਮੋਬਾਈਲ ਨੰਬਰ - 8588833485 ਜਾਰੀ ਕੀਤਾ। ਕੋਈ ਵੀ ਵਿਦਿਆਰਥੀ ਇਸ ਨੰਬਰ 'ਤੇ ਮਿਸਡ ਕਾਲ ਦੇ ਕੇ ਏਐਸ ਏਪੀ ਨਾਲ ਜੁੜ ਸਕਦਾ ਹੈ। ਸ਼ਾਮਲ ਹੋਣ ਤੋਂ ਬਾਅਦ, ਉਨ੍ਹਾਂ ਨਾਲ ਸੰਪਰਕ ਵੀ ਕੀਤਾ ਜਾਵੇਗਾ ਅਤੇ ਸੰਗਠਨ ਦੀਆਂ ਰਣਨੀਤੀਆਂ ਤੋਂ ਜਾਣੂ ਕਰਵਾਇਆ ਜਾਵੇਗਾ।

ਵਿਦਿਆਰਥੀ ਆਗੂਆਂ ਨੇ ਸੰਗਠਨ ਦੀ ਵੈੱਬਸਾਈਟ www.asapDstudents.org ਵੀ ਜਾਰੀ ਕੀਤੀ। ਵਿਦਿਆਰਥੀ ਇਸ ਵੈੱਬਸਾਈਟ ਤੇ ਜਾ ਕੇ ਅਤੇ ਆਪਣੀ ਵਿਸਤ੍ਰਿਤ ਜਾਣਕਾਰੀ ਸਾਂਝੀ ਕਰਕੇ ਅਧਿਕਾਰਤ ਤੌਰ ਤੇ ਏ ਐਸਏਪੀ ਦਾ ਹਿੱਸਾ ਬਣ ਸਕਦੇ ਹਨ।

ਮੀਡੀਆ ਨੂੰ ਸੰਬੋਧਨ ਕਰਦਿਆਂ, ਏਐਸਈਪੀ ਵਿਦਿਆਰਥੀ ਆਗੂ ਸੁਮਿਤ ਰਾਹੁਲ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਨੇ ਪੂਰੇ ਦੇਸ਼ ਵਿੱਚ ਇੱਕ ਵਿਕਲਪਿਕ ਰਾਜਨੀਤੀ ਨੂੰ ਜਨਮ ਦਿੱਤਾ। ਹੁਣ ਇਸਨੂੰ ਹਰ ਕਾਲਜ ਅਤੇ ਯੂਨੀਵਰਸਿਟੀ ਤੱਕ ਪਹੁੰਚਾਉਣ ਲਈ, ਏਐਸਈਪੀ ਦਾ ਗਠਨ ਕੀਤਾ ਗਿਆ ਹੈ।

ਸਾਡੀ ਮੈਂਬਰਸ਼ਿਪ ਮੁਹਿੰਮ ਅੱਜ ਤੋਂ ਸ਼ੁਰੂ ਹੋ ਰਹੀ ਹੈ। ਆਉਣ ਵਾਲੇ ਦਿਨਾਂ ਵਿੱਚ, ਅਸੀਂ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਹਰ ਕਾਲਜ, ਹਰ ਯੂਨੀਵਰਸਿਟੀ ਵਿੱਚ ਜਾਵਾਂਗੇ ਅਤੇ ਆਪਣੀਆਂ ਵਿਦਿਆਰਥੀ ਇਕਾਈਆਂ ਬਣਾਵਾਂਗੇ ਅਤੇ ਉੱਥੋਂ ਦੇ ਵਿਦਿਆਰਥੀਆਂ ਨੂੰ ਆਪਣੇ ਉਦੇਸ਼ਾਂ ਤੋਂ ਜਾਣੂ ਕਰਵਾਵਾਂਗੇ।

ਸਾਡਾ ਪਹਿਲਾ ਉਦੇਸ਼ ਹੈ - ਰਾਸ਼ਟਰਵਾਦ। ਅਸੀਂ ਹਰ ਨੌਜਵਾਨ ਵਿਦਿਆਰਥੀ ਵਿੱਚ ਦੇਸ਼ ਭਗਤੀ ਦੀ ਭਾਵਨਾ ਜਗਾ ਕੇ ਨੌਜਵਾਨਾਂ ਦੀ ਇੱਕ ਫੌਜ ਤਿਆਰ ਕਰਾਂਗੇ। ਦੂਜਾ ਹੈ- ਸਮਾਜਿਕ ਕੰਮ। ਇਸ ਤਹਿਤ, ਅਸੀਂ ਆਪਣੇ ਵਿਦਿਆਰਥੀ ਦੋਸਤਾਂ ਨਾਲ ਮਿਲ ਕੇ ਹਰ ਤਰ੍ਹਾਂ ਦੇ ਸਮਾਜਿਕ ਕਾਰਜਾਂ ਵਿੱਚ ਯੋਗਦਾਨ ਪਾਵਾਂਗੇ। ਤੀਜਾ - ਅਸੀਂ ਵਿਦਿਆਰਥੀਆਂ ਵਿੱਚ ਰਾਜਨੀਤੀ ਵਿੱਚ ਦਿਲਚਸਪੀ ਪੈਦਾ ਕਰਾਂਗੇ ਅਤੇ ਉਨ੍ਹਾਂ ਨੂੰ ਰਾਜਨੀਤਿਕ ਫੈਸਲੇ ਲੈਣ ਦੇ ਯੋਗ ਬਣਾਵਾਂਗੇ। ਸਾਡਾ ਚੌਥਾ ਅਤੇ ਬਹੁਤ ਮਹੱਤਵਪੂਰਨ ਉਦੇਸ਼ ਹੈ - ਸਿੱਖਿਆ ਸੁਧਾਰ। ਇਸ ਲਈ, ਅਸੀਂ ਸਾਰੇ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਵਿਦਿਆਰਥੀਆਂ ਦੇ ਸਮੂਹ ਬਣਾਵਾਂਗੇ ਅਤੇ ਉਨ੍ਹਾਂ ਨੂੰ ਸਿੱਖਿਆ ਵਿੱਚ ਸੁਧਾਰਾਂ ਬਾਰੇ ਜਾਗਰੂਕ ਕਰਾਂਗੇ।

ਏਐਏਸਪੀ ਦੇ ਇੱਕ ਹੋਰ ਵਿਦਿਆਰਥੀ ਆਗੂ ਸੰਜੀਵ ਚੌਧਰੀ ਨੇ ਕਿਹਾ ਕਿ ਅਸੀਂ ਵਿਦਿਆਰਥੀਆਂ ਨੂੰ ਸਰਕਾਰ ਕੋਲ ਲੈ ਕੇ ਜਾਵਾਂਗੇ ਕਿਉਂਕਿ ਰਾਜਨੀਤੀ ਸਮਾਜ ਵਿੱਚ ਸਾਰੀਆਂ ਚੀਜ਼ਾਂ ਨੂੰ ਸਿੱਧੇ ਜਾਂ ਅਸਿੱਧੇ ਤੌਰ 'ਤੇ ਤੈਅ ਕਰਦੀ ਹੈ। ਇਹ ਸਰਕਾਰ ਹੀ ਹੈ ਜੋ ਬਿਜਲੀ, ਪਾਣੀ, ਸੜਕਾਂ, ਸਿੱਖਿਆ ਅਤੇ ਸਿਹਤ ਸੰਬੰਧੀ ਫੈਸਲੇ ਲੈਂਦੀ ਹੈ, ਇਸ ਲਈ ਨੌਜਵਾਨ ਵਿਦਿਆਰਥੀਆਂ ਦਾ ਫਰਜ਼ ਬਣਦਾ ਹੈ ਕਿ ਉਹ ਸਰਕਾਰ ਦੇ ਕੰਮ ਅਤੇ ਤਰੀਕਿਆਂ ਨੂੰ ਵੇਖਣ। ਅਸੀਂ ਆਪਣੀਆਂ ਜ਼ਿੰਮੇਵਾਰੀਆਂ ਨੂੰ ਨਿਭਾ ਕੇ ਹੀ ਇੱਕ ਬਿਹਤਰ ਸਮਾਜ ਅਤੇ ਭਵਿੱਖ ਦਾ ਨਿਰਮਾਣ ਕਰ ਸਕਦੇ ਹਾਂ।

ਵਿਦਿਆਰਥੀ ਆਗੂ ਨਵਲਦੀਪ ਸਿੰਘ ਨੇ ਕਿਹਾ ਕਿ ਏਐਸਏਪੀ ਵਿਕਲਪਿਕ ਰਾਜਨੀਤੀ ਬਾਰੇ ਗੱਲ ਕਰਦਾ ਹੈ। ਅਸੀਂ ਕੁਝ ਮਾਮਲਿਆਂ ਵਿੱਚ ਦੂਜੀਆਂ ਪਾਰਟੀਆਂ ਨਾਲੋਂ ਬਿਹਤਰ ਅਤੇ ਵੱਖਰੇ ਹਾਂ। ਸਾਡਾ ਉਦੇਸ਼ ਸ਼ਾਸਨ ਵਿੱਚ ਪਾਰਦਰਸ਼ਤਾ ਲਿਆਉਣਾ ਅਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨਾ ਹੈ। ਅਸੀਂ ਵਿਦਿਆਰਥੀਆਂ ਨੂੰ ਨਵੀਂ ਰਾਜਨੀਤੀ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਾਂਗੇ ਜਿੱਥੇ ਉਹ ਆਪਣੇ ਵਿਚਾਰ ਪ੍ਰਗਟ ਕਰ ਸਕਣਗੇ ਅਤੇ ਰਾਜਨੀਤੀ ਦੇ ਬਦਲਦੇ ਸੁਭਾਅ ਨੂੰ ਸਮਝ ਸਕਣਗੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ, ਏਐਸਏਪੀ ਪੰਜਾਬ ਯੂਨੀਵਰਸਿਟੀ ਸਮੇਤ ਚੰਡੀਗੜ੍ਹ ਦੇ ਹਰ ਕਾਲਜ ਵਿੱਚ ਵਿਦਿਆਰਥੀ ਯੂਨੀਅਨ ਚੋਣਾਂ ਜ਼ੋਰਦਾਰ ਢੰਗ ਨਾਲ ਲੜੇਗਾ ਅਤੇ ਪੰਜਾਬ ਦੇ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਵਿਦਿਆਰਥੀ ਇਕਾਈਆਂ ਸਥਾਪਤ ਕਰੇਗਾ।

# 15 ਜੂਨ ਨੂੰ 10 ਹਜ਼ਾਰ ਬੱਚੇ ਇਕੱਠਿਆਂ ਜਪੁਜੀ ਸਾਹਿਬ ਦੇ ਪਾਠ ਕਰਨਗੇ : ਜਸਪ੍ਰੀਤ ਸਿੰਘ



ਨਵੀਂ ਦਿੱਲੀ, 24 ਮਈ, (ਅੰਮ੍ਰਿਤਪਾਲ ਸਿੰਘ) : ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਇਸ ਵਾਰ ਗਰਮੀ ਦੀਆਂ ਛੁੱਟੀਆਂ ਵਿਚ ਲੱਗਣ ਵਾਲੇ ਕੈਂਪਾਂ ਵਾਸਤੇ ਬੱਚਿਆਂ ਵੱਲੋਂ ਗੁਰਬਾਣੀ ਨਾਲ ਜੁੜਨ ਵਾਸਤੇ ਬਹੁਤ ਉਤਸ਼ਾਹ ਮਿਲ ਰਿਹਾ ਹੈ ਅਤੇ 15 ਜੂਨ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਦੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ 10 ਹਜ਼ਾਰ ਤੋਂ ਜ਼ਿਆਦਾ ਬੱਚੇ ਜਪੁਜੀ ਸਾਹਿਬ ਦੇ ਪਾਠ ਦਾ ਇਕੱਠਿਆਂ ਜਾਪ ਕਰਨਗੇ।

ਅੱਜ ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਵਾਸਤੇ ਗਰਮੀ ਦੀਆਂ ਛੁੱਟੀਆਂ ਵਿਚ ਵਿਸ਼ੇਸ਼ ਕੈਂਪ ਲਾਉਣ ਦੇ ਉਪਰਾਲਿਆਂ ਨੂੰ ਵੱਡਾ ਉਤਸ਼ਾਹ ਮਿਲਿਆ ਹੈ। ਉਹਨਾਂ ਕਿਹਾ ਕਿ ਦਿੱਲੀ ਦੇ ਨਾਲ-ਨਾਲ ਹਰਿਆਣਾ, ਯੂ.ਪੀ. ਤੇ ਹੋਰ ਰਾਜਾਂ ਤੋਂ ਬੱਚਿਆਂ ਨੇ ਇਹਨਾਂ ਕੈਂਪਾਂ ਪ੍ਰਤੀ ਬਹੁਤ ਉਤਸ਼ਾਹ ਵਿਖਾਇਆ ਹੈ।

ਉਹਨਾਂ ਕਿਹਾ ਕਿ ਇਸ ਵਾਰ ਅਸੀਂ ਵਿਸ਼ੇਸ਼ ਮੁਹਿੰਮ ਵਜੋਂ 15 ਜੂਨ ਨੂੰ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਜਪੁਜੀ ਸਾਹਿਬ ਜੀ ਦੇ ਪਾਠ ਦੇ ਉਚਾਰਣ ਵਾਸਤੇ ਵਿਸ਼ੇਸ਼ ਮੁਹਿੰਮ ਉਲੀਕੀ ਹੈ ਜਿਸ ਤਹਿਤ ਗ੍ਰੰਥ ਸਿੰਘ ਪਹਿਲਾਂ ਪਾਠ ਦਾ ਉਚਾਰਣ ਕਰਨਗੇ ਜਿਹਨਾਂ ਪਿੱਛੋਂ ਬੱਚੇ ਤੇ ਫਿਰ ਉਹਨਾਂ ਦੇ ਅਧਿਆਪਕ ਤੇ ਮਾਪੇ ਵੀ ਇਸ ਪਾਠ ਦਾ ਉਚਾਰਣ ਕਰਨਗੇ। ਉਹਨਾਂ ਕਿਹਾ ਕਿ ਜਦੋਂ 10 ਹਜ਼ਾਰ ਬੱਚੇ ਇਸ ਪਾਠ ਦਾ ਉਚਾਰਣ ਕਰਨਗੇ ਤਾਂ ਆਪਣੇ ਆਪ ਵਿਚ ਸਮਾਂ ਬੱਧ ਜਾਵੇਗਾ ਤੇ ਇਸ ਅਲੌਕਿਕ ਨਜ਼ਾਰੇ ਨੂੰ ਵੇਖਦਿਆਂ ਹੀ ਲੋਕ ਮੰਤਰ ਮੁਗਧ ਹੋ ਜਾਣਗੇ।

ਉਹਨਾਂ ਕਿਹਾ ਕਿ ਅਸੀਂ ਇਸ ਵਾਰ ਦੇ ਕੈਂਪਾਂ ਵਾਸਤੇ ਵਿਸ਼ੇਸ਼ ਕਿਤਾਬਾਂ ਵੀ ਤਿਆਰ ਕਰਵਾਈਆਂ ਹਨ ਤਾਂ ਜੋ ਬੱਚਿਆਂ ਨੂੰ ਗੁਰਬਾਣੀ ਦੇ ਰਸਭਿੰਨੇ ਪਾਠ ਨਾਲ ਜੋੜਿਆ ਜਾ ਸਕੇ।

ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਹਨਾਂ ਪ੍ਰੋਗਰਾਮਾਂ ਵਿਚ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਗਿਣਤੀ ਵਿਚ ਸ਼ਮੂਲੀਅਤ ਕਰਵਾਉਣ ਤਾਂ ਜੋ ਇਹ ਪ੍ਰੋਗਰਾਮ ਸਫਲ ਹੋ ਸਕਣ।

## ਸੰਪਾਦਕੀ

# ਸਾਈਬਰ ਅਪਰਾਧ ਦੀਆਂ ਵਧਦੀਆਂ ਘਟਨਾਵਾਂ

ਸਾਈਬਰ ਅਪਰਾਧ ਦੀਆਂ ਵਧਦੀਆਂ ਘਟਨਾਵਾਂ ਦੇ ਵਿਚਕਾਰ, ਮੋਬਾਈਲ ਫੋਨ ਉਪਭੋਗਤਾਵਾਂ ਲਈ ਜ਼ੋਖਮ ਲਗਾਤਾਰ ਵੱਧਦਾ ਜਾ ਰਿਹਾ ਹੈ। ਇੱਕ ਪਾਸੇ ਜਿੱਥੇ ਲੋਕਾਂ ਦਾ ਡਾਟਾ ਚੋਰੀ ਹੋਣ ਦੀਆਂ ਲਗਾਤਾਰ ਖ਼ਬਰਾਂ ਆ ਰਹੀਆਂ ਹਨ, ਉੱਥੇ ਹੀ ਦੂਜੇ ਪਾਸੇ ਮੋਬਾਈਲ ਫੋਨ ਚੋਰੀ ਦੀਆਂ ਵਾਰਦਾਤਾਂ ਵੀ ਵੱਡੇ ਪੱਧਰ 'ਤੇ ਹੋਣ ਲੱਗੀਆਂ ਹਨ। ਇਸ ਦਾ ਮਤਲਬ ਹੈ ਕਿ ਲੋਕਾਂ ਦੀ ਨਿੱਜਤਾ ਖ਼ਤਰੇ ਵਿੱਚ ਹੈ। ਬੈਂਕਿੰਗ ਲੈਣ-ਦੇਣ ਸਮੇਤ ਉਨ੍ਹਾਂ ਦੀਆਂ ਸਾਰੀਆਂ ਗਤੀਵਿਧੀਆਂ ਨਿਗਰਾਨੀ ਅਧੀਨ ਹਨ। ਮੋਬਾਈਲ ਉਪਭੋਗਤਾ ਦੀ ਸਾਰੀ ਜਾਣਕਾਰੀ ਪਲਕ ਝਪਕਦਿਆਂ ਹੀ ਚੋਰਾਂ ਤੱਕ ਪਹੁੰਚ ਜਾਂਦੀ ਹੈ। ਇਸ ਤੋਂ ਬਾਅਦ ਜੋ ਹੁੰਦਾ ਹੈ, ਉਹ ਕਿਸੇ ਤੋਂ ਲੁਕਿਆ ਨਹੀਂ ਹੈ। ਫਿਲਹਾਲ ਇਸ ਖ਼ਬਰ ਨੇ ਚਿੰਤਾ ਵਧਾ ਦਿੱਤੀ ਹੈ ਕਿ ਸਾਡੇ ਦੇਸ਼ ਵਿੱਚ ਮੋਬਾਈਲ ਫੋਨ ਦੀ ਚੋਰੀ ਸਭ ਤੋਂ ਵੱਧ ਹੋ ਰਹੀ ਹੈ। ਇਸ ਰਿਪੋਰਟ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਹੈ। ਇਸ ਅਨੁਸਾਰ ਦੁਨੀਆ ਭਰ ਵਿੱਚ ਚੋਰੀਆਂ ਦੀ ਲੜੀ ਵਿੱਚ ਸਭ ਤੋਂ ਵੱਧ 28 ਫੀਸਦੀ ਹਮਲੇ ਭਾਰਤ ਵਿੱਚ ਹੋਏ। ਇਹ ਮੋਬਾਈਲ ਉਪਭੋਗਤਾਵਾਂ ਲਈ ਖ਼ਤਰੇ ਦੀ ਘੰਟੀ ਹੈ ਅਤੇ ਟੈਲੀਕਾਮ ਕੰਪਨੀਆਂ ਅਤੇ ਮੋਬਾਈਲ ਨਿਰਮਾਤਾਵਾਂ ਲਈ ਚੇਤਾਵਨੀ ਵੀ ਹੈ। ਉਨ੍ਹਾਂ ਨੂੰ ਹੁਣ ਵੱਧ ਰਹੇ ਸਾਈਬਰ ਖਤਰਿਆਂ ਦਰਮਿਆਨ ਨਵੇਂ ਸੁਰੱਖਿਆ ਉਪਾਅ ਕਰਨੇ ਪੈਣਗੇ। ਇੰਟਰਨੈੱਟ ਦੀ ਦੁਨੀਆਂ ਵਿੱਚ ਕਿਸੇ ਉੱਤੇ ਵੀ ਅੰਨ੍ਹੇਵਾਹ ਭਰੋਸਾ ਨਹੀਂ ਕੀਤਾ ਜਾ ਸਕਦਾ। ਥੋੜ੍ਹੀ ਜਿਹੀ ਲਾਪਰਵਾਹੀ ਪਰੇਸ਼ਾਨੀ ਦਾ ਕਾਰਨ ਬਣ ਸਕਦੀ ਹੈ। ਇਸ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਹੈ ਕਿਉਂਕਿ ਅੱਜ ਦੇ ਯੁੱਗ ਵਿੱਚ ਸਾਰੀਆਂ ਗਤੀਵਿਧੀਆਂ ਮੋਬਾਈਲ, ਲੈਪਟਾਪ ਜਾਂ ਕੰਪਿਊਟਰ 'ਤੇ ਕੇਂਦਰਿਤ ਹੋ ਗਈਆਂ ਹਨ। ਲੋਕ ਆਪਣੇ ਨਾਲ ਜੁੜੀਆਂ ਕਈ ਸੰਵੇਦਨਸ਼ੀਲ ਜਾਣਕਾਰੀਆਂ ਆਪਣੇ ਮੋਬਾਇਲ 'ਚ ਰੱਖਦੇ ਹਨ। ਇੱਕ ਰਿਪੋਰਟ ਦੇ ਅਨੁਸਾਰ ਗਾਹਕਾਂ ਨੂੰ ਇੱਕ ਵੈਬਸਾਈਟ ਬਣਾ ਕੇ ਗੁੰਮਰਾਹ ਕੀਤਾ ਜਾਂਦਾ ਹੈ ਜੋ ਅਸਲ ਬੈਂਕਿੰਗ ਵੈਬਸਾਈਟ ਦੀ ਸਟੀਕ ਕਾਪੀ ਹੈ, ਜਿਵੇਂ ਹੀ ਉਹ ਕਿਸੇ ਅਣਜਾਣ ਲਿੰਕ 'ਤੇ ਪਹੁੰਚਦੇ ਹਨ, ਸਾਜ਼ਿਸ਼ਾਂ ਦੀ ਘੇਰਾਬੰਦੀ ਸ਼ੁਰੂ ਹੋ ਜਾਂਦੀ ਹੈ। ਮੋਬਾਈਲ ਸਪਾਈਵੇਅਰ ਨੂੰ ਲੈ ਕੇ ਵੀ ਸਾਵਧਾਨ ਰਹਿਣ ਦੀ ਲੋੜ ਹੈ, ਕਿਉਂਕਿ ਇਹ ਖਪਤਕਾਰਾਂ ਦੀ ਨਿੱਜੀ ਜਾਣਕਾਰੀ ਚੋਰੀ-ਛਿਪੇ ਚੋਰੀ ਕਰਦਾ ਹੈ। ਸਭ ਤੋਂ ਵੱਡਾ ਖ਼ਤਰਾ ਵਿੱਤੀ ਧੋਖਾਧੜੀ ਹੈ। ਅੱਜ ਜਦੋਂ ਸਮੁੱਚੀ ਬੈਂਕਿੰਗ ਮੋਬਾਈਲ ਤੱਕ ਸੀਮਤ ਹੋ ਚੁੱਕੀ ਹੈ ਤਾਂ ਇਹ ਚੋਰੀ ਕਿਸੇ ਵੀ ਸਮੇਂ ਕਿਸੇ ਨੂੰ ਵੀ ਮੁਸੀਬਤ ਵਿੱਚ ਪਾ ਸਕਦੀ ਹੈ। ਕਈ ਵਾਰ ਲੋਕ ਕੁਝ ਐਪਸ ਨੂੰ ਡਾਊਨਲੋਡ ਕਰਦੇ ਹਨ। ਤਾਜ਼ਾ ਰਿਪੋਰਟ ਚੇਤਾਵਨੀ ਦਿੰਦੀ ਹੈ ਕਿ ਸੁਰੱਖਿਆ ਦੇ ਨਜ਼ਰੀਏ ਤੋਂ ਦੋ ਸੌ ਤੋਂ ਵੱਧ ਐਪਸ ਖਤਰਨਾਕ ਹਨ। ਅਜਿਹੀ ਸਥਿਤੀ ਵਿੱਚ ਸਿਰਫ਼ ਲੋਕਾਂ ਦੀ ਜਾਗਰੂਕਤਾ ਹੀ ਸੁਰੱਖਿਆ ਦੀ ਕੰਧ ਸਾਬਤ ਹੋ ਸਕਦੀ ਹੈ, ਪਰ ਸਰਕਾਰ ਨੂੰ ਵੀ ਇੱਕ ਠੋਸ ਵਿਵਸਥਾ ਬਣਾਉਣ ਦੀ ਲੋੜ ਹੈ। ਹੁਣ ਲੋਕਾਂ ਨਾਲ ਠੱਗੀ ਦਾ ਨਵਾਂ ਤਰੀਕਾ ਵੀ ਸਾਹਮਣੇ ਆਇਆ ਹੈ। ਰੋਜ਼ਮਰ੍ਹਾ ਦੀ ਜ਼ਿੰਦਗੀ ਵਿਚ ਆਧੁਨਿਕ ਤਕਨਾਲੋਜੀ ਦੇ ਫੈਲਣ ਨਾਲ ਲੋਕਾਂ ਨੂੰ ਕਈ ਪੱਧਰਾਂ 'ਤੇ ਸਹੂਲਤਾਂ ਮਿਲਣ ਦੇ ਦਾਅਵੇ ਕੀਤੇ ਜਾ ਰਹੇ ਹਨ ਪਰ ਸੱਚਾਈ ਇਹ ਹੈ ਕਿ ਇਸ ਦੇ ਨਾਲ-ਨਾਲ ਖਤਰੇ ਦਾ ਦਾਇਰਾ ਵੀ ਤੇਜ਼ੀ ਨਾਲ ਵੱਧ ਰਿਹਾ ਹੈ। ਖਾਸ ਤੌਰ 'ਤੇ ਖਰੀਦੋ-ਫਰੋਖਤ ਅਤੇ ਪੈਸੇ ਦੇ ਲੈਣ-ਦੇਣ 'ਚ ਜਿਸ ਤਰ੍ਹਾਂ ਦੀਆਂ ਧੋਖਾਧੜੀਆਂ ਸਾਹਮਣੇ ਆ ਰਹੀਆਂ ਹਨ, ਉਸ ਨੂੰ ਦੇਖਦੇ ਹੋਏ ਹੁਣ ਚਿੰਤਾ ਵਧਦੀ ਜਾ ਰਹੀ ਹੈ ਕਿ ਕੀ ਮਨੁੱਖੀ ਜੀਵਨ ਨੂੰ ਆਸਾਨ ਬਣਾਉਣ ਵਾਲੀਆਂ ਇਹ ਤਕਨੀਕਾਂ ਲੋਕਾਂ ਲਈ ਧੋਖਾਧੜੀ ਦਾ ਹਥਿਆਰ ਅਤੇ ਖਤਰੇ ਦਾ ਕਾਰਨ ਬਣ ਸਕਦੀਆਂ ਹਨ। ਪਿਛਲੇ ਕੁਝ ਸਾਲਾਂ ਦੌਰਾਨ, ਸਮਾਨ ਖਰੀਦਣ ਜਾਂ ਕਿਸੇ ਹੋਰ ਸੇਵਾ ਲਈ ਪੈਸੇ ਦਾ ਭੁਗਤਾਨ ਕਰਨ ਲਈ ਔਨਲਾਈਨ ਮਾਧਿਅਮ ਦੀ ਵਰਤੋਂ ਤੇਜ਼ੀ ਨਾਲ ਵਧੀ ਹੈ। ਇਸ ਵਿੱਚ ਇੱਕ ਮੁੱਖ ਪ੍ਰਚੱਲਿਤ ਤਰੀਕਾ ਹੈ ਕਿਊਆਰ ਕੋਡ ਨੂੰ ਸਕੈਨ ਕਰਨਾ, ਜਿਸ ਰਾਹੀਂ ਲੋਕ ਆਪਣੇ ਖਾਤੇ ਤੋਂ ਕਿਸੇ ਹੋਰ ਦੇ ਖਾਤੇ ਵਿੱਚ ਪੈਸੇ ਭੇਜਦੇ ਹਨ। ਜੇਕਰ ਤੁਸੀਂ ਇਸ ਨੂੰ ਦੇਖਦੇ ਹੋ, ਤਾਂ ਇਹ ਪੈਸੇ ਦਾ ਲੈਣ-ਦੇਣ ਕਰਨ ਦਾ ਇੱਕ ਆਸਾਨ ਤਰੀਕਾ ਲੱਗਦਾ ਹੈ ਪਰ ਹੁਣ ਇਸ ਵਿਚ ਜਿਸ ਤਰ੍ਹਾਂ ਦੀਆਂ ਧੋਖਾਧੜੀਆਂ ਸਾਹਮਣੇ ਆਉਣ ਲੱਗ ਪਈਆਂ ਹਨ, ਉਸ ਤੋਂ ਸਾਫ਼ ਹੈ ਕਿ ਇਹ ਮਾਧਿਅਮ ਵੀ ਹੁਣ ਪੂਰੀ ਤਰ੍ਹਾਂ ਸੁਰੱਖਿਅਤ ਨਹੀਂ ਰਿਹਾ।

-ਜਗਜੀਤ ਸਿੰਘ ਦਰਦੀ

# ਪੰਜਾਬ ਸਰਕਾਰ ਨੇ ਇੱਕ ਹੋਰ 'ਕਾਂ' ਟੰਗਿਆ

ਕਮਲਜੀਤ ਸਿੰਘ ਬਨਵੈਤ
98147 34035



ਕਾਂਗਰਸ ਦੀ ਸਰਕਾਰ ਵਿੱਚ ਜਦੋਂ ਚਰਨਜੀਤ ਸਿੰਘ ਚੰਨੀ 111 ਦਿਨਾਂ ਲਈ ਮੁੱਖ ਮੰਤਰੀ ਬਣੇ ਤਾਂ ਉਨ੍ਹਾਂ ਨੇ ਕਾਂ ਮਾਰ ਕੇ ਟੰਗਣ ਦੀ ਦਹਿਸ਼ਤ ਪਾ ਦਿੱਤੀ ਸੀ। ਉਹਨਾਂ ਦਾ ਮਤਲਬ ਭ੍ਰਿਸ਼ਟਾਚਾਰੀਆਂ ਨੂੰ ਫ਼ੜ ਕੇ ਜੇਲ੍ਹਾਂ ਵਿੱਚ ਸੁੱਟਣ ਤੋਂ ਸੀ। ਉਹ ਮੁੱਖ ਮੰਤਰੀ ਹੁੰਦਿਆਂ ਕੋਈ ਕਾਂ ਮਾਰ ਕੇ ਤਾਂ ਨਾ ਟੰਗ ਸਕੇ ਪਰ ਭਗਵੰਤ ਸਿੰਘ ਮਾਨ ਨੇ ਇੱਕ ਹੋਰ ਕਾਂ ਮਾਰ ਕੇ ਟੰਗ ਦਿੱਤਾ ਹੈ। ਹੁਣ ਜਲੰਧਰ ਸੈਂਟਰਲ ਤੋਂ ਵਿਧਾਇਕ ਰਮਨ ਅਰੋੜਾ ਨੂੰ ਜੇਲ੍ਹ ਦੇ ਭੁੰਨੇ ਚਨੇ ਗੁੜ ਨਾਲ ਚੱਬਣੇ ਪੈਣਗੇ।

ਆਮ ਆਦਮੀ ਪਾਰਟੀ ਸੰਘਰਸ਼ ਵਿੱਚੋਂ ਨਿਕਲੀ ਸੀ। ਮੁਲਕ ਵਿੱਚੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਦੇ ਨਾਂ 'ਤੇ। ਪਰ ਲਗਾਤਾਰ ਦਾਮਨ 'ਤੇ ਦਾਗ਼ ਲੱਗਦੇ ਰਹੇ। ਦਾਅਵਾ ਤਾਂ ਲੋਕਪਾਲ ਦਾ ਵੀ ਕੀਤਾ ਸੀ, ਜਿਹੜਾ ਹਾਲੇ ਤੱਕ ਵਫ਼ਾ ਨਹੀਂ ਹੋਇਆ। ਦਿੱਲੀ ਵਾਲਿਆਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰ ਦਿੱਤਾ ਹੈ। ਪੰਜਾਬ ਵਿੱਚ ਆਪ ਦੀ ਸਰਕਾਰ ਨੇ ਤਿੰਨ ਸਾਲ ਪੂਰੇ ਕਰ ਲਏ ਹਨ। ਹੁਣ ਲੋਕਪਾਲ ਸ਼ਬਦ ਹੀ ਸਾਰਿਆਂ ਦੇ ਮੂੰਹ ਉੱਤੇ ਆਉਣ ਤੋਂ ਹੱਟ ਗਿਆ ਹੈ। ਲੋਕ ਤਾਂ ਇਹ ਵੀ ਕਹਿਣ ਲੱਗੇ ਹਨ ਕਿ ਮਿਹਨਤ ਅੰਨਾ ਹਜ਼ਾਰੇ ਦੀ ਖੱਟੀ ਖਾ ਗਏ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਉਹਨਾਂ ਦੇ ਸਾਥੀ। ਭ੍ਰਿਸ਼ਟਾਚਾਰ ਮੁਕਤ ਸ਼ਾਸਨ ਦੇਣ ਦੇ ਦਾਅਵਿਆਂ ਅਤੇ ਵਾਅਦਿਆਂ ਦੀ ਲਗਾਤਾਰ ਫੂਕ ਨਿਕਲਦੀ ਰਹੀ ਹੈ। ਆਪ ਦੀ ਹਾਈ ਕਮਾਂਡ ਅਤੇ ਦਿੱਲੀ ਦੀ ਤਤਕਾਲੀ ਸਰਕਾਰ ਦੀ ਗੱਲ ਕਰੀਏ ਤਾਂ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਮਨੀਸ਼ ਸਿਸੋਦੀਆ ਅਤੇ ਕੈਬਨਿਟ ਮੰਤਰੀ ਸਤੇਂਦਰ ਜੈਨ ਨੂੰ ਭ੍ਰਿਸ਼ਟਾਚਾਰ ਦੇ ਇਲਜ਼ਾਮਾਂ ਤਹਿਤ ਜੇਲ੍ਹ ਦੀਆਂ ਸਲਾਖਾਂ ਪਿੱਛੇ ਰਹਿਣਾ ਪੈ ਗਿਆ ਸੀ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭ੍ਰਿਸ਼ਟਾਚਾਰ ਮੁਹਿੰਮ ਦਾ ਆਗਾਜ਼ ਸ਼ਹੀਦ ਭਗਤ ਸਿੰਘ ਦੀ ਧਰਤੀ ਖਟਕੜ ਕਲਾਂ ਤੋਂ ਕੀਤਾ ਸੀ। ਸਿਆਸਤਦਾਨਾਂ ਸਮੇਤ ਹੱਥ ਤਾਂ ਉਹਨਾਂ ਨੇ ਅਫਸਰਸ਼ਾਹੀ ਨੂੰ ਵੀ ਪਾਇਆ ਹੈ। ਸ਼ੁਰੂਆਤ ਮਾਨਸਾ ਤੋਂ ਵਿਧਾਇਕ ਅਤੇ ਸਾਬਕਾ ਸਿਹਤ ਮੰਤਰੀ ਵਿਜੇ ਸਿੰਗਲਾ ਤੋਂ ਕੀਤੀ ਸੀ। ਉਹਨਾਂ ਨੂੰ 24 ਮਈ 2022 ਨੂੰ ਮੁੱਖ ਮੰਤਰੀ ਦੇ ਘਰੋਂ ਵਿਜੀਲੈਂਸ ਨੇ ਗ੍ਰਿਫਤਾਰ ਕਰ ਲਿਆ ਸੀ। ਉਹਨਾਂ ਉੱਤੇ ਹਸਪਤਾਲਾਂ ਵਿੱਚ ਸਪਲਾਈ ਕੀਤੇ ਜਾਣ ਬਦਲੇ ਇੱਕ ਫ਼ੀਸਦੀ ਕਮਿਸ਼ਨ ਮੰਗਣ ਦਾ ਦੋਸ਼ ਲੱਗਿਆ ਸੀ। ਉਸ ਤੋਂ ਬਾਅਦ ਬਠਿੰਡਾ ਤੋਂ ਪਾਰਟੀ ਦੇ ਵਿਧਾਇਕ ਅਮਿਤ ਰਤਨ ਨੂੰ ਰਿਸ਼ਵਤ ਦੇ ਮਾਮਲੇ ਵਿੱਚ ਫਰਵਰੀ 2023 ਨੂੰ ਵਿਜੀਲੈਂਸ ਨੇ ਗ੍ਰਿਫਤਾਰ ਕੀਤਾ। ਉਸ ਉੱਤੇ 25 ਲੱਖ ਦੀ ਗਰਾਂਟ ਦਿਵਾਉਣ ਬਦਲੇ 5 ਲੱਖ ਦੀ ਰਿਸ਼ਵਤ ਲੈਣ ਦਾ ਦੋਸ਼ ਲੱਗਿਆ ਸੀ। ਇਸ ਤੋਂ ਬਾਅਦ ਇੱਕ ਹੋਰ ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਉੱਤੇ ਵੀ ਦੋਸ਼ ਤਾਂ ਭ੍ਰਿਸ਼ਟਾਚਾਰ ਦੇ ਲੱਗੇ ਸਨ ਪਰ ਉਹਨਾਂ ਤੋਂ ਝੰਡੀ ਵਾਲੀ ਕਾਰ ਲੈ ਕੇ ਇੱਕ ਤਰ੍ਹਾਂ ਨਾਲ ਮੁਆਫ਼ ਕਰ ਦਿੱਤਾ ਗਿਆ ਸੀ। ਉਸ ਤੋਂ ਬਾਅਦ ਖ਼ੁਰਾਕ ਤੇ ਸਪਲਾਈ ਮੰਤਰੀ ਲਾਲ ਚੰਦ ਕਟਾਰੂ ਚੱਕ ਘਟੀਆ ਕਿਸਮ ਦੇ ਇਲਜ਼ਾਮਾਂ ਵਿੱਚ ਘਿਰਦੇ ਹਨ। ਉਹਨਾਂ ਦੀ ਦੁਰਗਤ ਤਾਂ ਹੁੰਦੀ ਹੈ ਪਰ ਉਹ ਆਪਣੀ ਕੁਰਸੀ ਬਚਾਉਣ ਵਿੱਚ ਕਾਮਯਾਬ ਹੋ ਜਾਂਦੇ ਹਨ। ਕਰਤਾਰਪੁਰ ਸਾਹਿਬ ਤੋਂ ਵਿਧਾਇਕ ਅਤੇ ਸਾਬਕਾ ਸਥਾਨਕ ਸਰਕਾਰ ਮੰਤਰੀ ਬਲਕਾਰ ਸਿੰਘ ਅਜਿਹੇ ਇਲਜ਼ਾਮਾਂ ਵਿੱਚ ਘਿਰਦੇ ਹਨ ਕਿ ਮਹੀਨਿਆਂ ਬਾਅਦ ਹੀ ਵਜ਼ਾਰਤ ਤੋਂ ਬਾਹਰ ਹੋਣਾ ਪੈ ਜਾਂਦਾ ਹੈ।

ਅੰਮ੍ਰਿਤਸਰ ਤੋਂ ਵਿਧਾਇਕ ਅਤੇ ਸਾਬਕਾ ਸਥਾਨਕ ਮੰਤਰੀ ਇੰਦਰਵੀਰ ਸਿੰਘ ਨਿੱਝਰ ਨੂੰ ਆਪਣੇ ਦਿਲ ਦੀ ਗੱਲ ਕਹਿਣੀ ਮਹਿੰਗੀ ਪੈਂਦੀ ਹੈ। ਇੱਕ ਕਾਬਲ ਮੰਤਰੀ ਹੋਣ ਦੇ ਬਾਵਜੂਦ ਭਗਵੰਤ ਸਿੰਘ ਮਾਨ ਉਹਨਾਂ ਤੋਂ ਝੰਡੀ ਵਾਲੀ ਕਾਰ ਵਾਪਸ ਲੈ ਲੈਂਦੇ ਹਨ। ਚੇਤਨ ਸਿੰਘ ਜੌੜਾਮਾਜਰਾ ਕਿਸੇ ਵੇਲੇ ਆਪ ਹਾਈ ਕਮਾਂਡ ਦੇ ਚਹੇਤਿਆਂ ਵਿੱਚ ਗਿਣੇ ਜਾਂਦੇ ਸਨ ਪਰ ਵਜ਼ਾਰਤ ਉਹਨਾਂ ਕੋਲ ਵੀ ਲੰਮਾ ਸਮਾਂ ਟਿਕ ਨਹੀਂ ਸਕੀ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹੱਥ ਤਾਂ ਅਫਸਰਸ਼ਾਹੀ ਨੂੰ ਵੀ ਪਾਇਆ ਸੀ ਪਰ ਵਾਰ ਵਾਰ ਪਿੱਛੇ ਹੱਟਣਾ ਪੈਂਦਾ ਰਿਹਾ ਹੈ।

ਆਪ ਦੀ ਸਰਕਾਰ ਵੱਲੋਂ ਹੁਣ ਤੱਕ ਪੰਜ ਸਾਬਕਾ ਕਾਂਗਰਸੀ ਵਜ਼ੀਰਾਂ ਖਿਲਾਫ਼ ਵਿਜੀਲੈਂਸ ਕੇਸ ਦਰਜ ਕੀਤੇ ਗਏ ਹਨ। ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਅਤੇ ਸੁੰਦਰ ਸ਼ਾਮ ਅਰੋੜਾ ਨੂੰ ਜੇਲ੍ਹ ਜਾਣਾ ਪਿਆ ਸੀ। ਇਹ ਵੱਖਰੀ ਗੱਲ ਹੈ ਕਿ ਹਾਈ ਕੋਰਟ ਨੇ ਇਹਨਾਂ ਆਗੂਆਂ ਖ਼ਿਲਾਫ਼ ਦਰਜ ਕੇਸਾਂ ਨੂੰ ਹੀ ਖ਼ਾਰਜ ਕਰ ਦਿੱਤਾ, ਜਿਸ ਕਾਰਨ ਵਿਜੀਲੈਂਸ ਨੂੰ ਨਮੋਸ਼ੀ ਵੀ ਝੱਲਣੀ ਪਈ ਅਤੇ ਝਿੜਕਾਂ ਵੀ ਖਾਣੀਆਂ ਪਈਆਂ। ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਖ਼ਿਲਾਫ਼ ਛੇ ਫਰਵਰੀ 2023 ਨੂੰ ਕੇਸ ਦਰਜ ਹੋਇਆ ਸੀ ਅਤੇ ਉਹ ਹੁਣ ਵੀ ਜ਼ਮਾਨਤ 'ਤੇ ਬਾਹਰ ਹਨ। ਕਾਂਗਰਸ ਦੇ ਹੀ ਸੰਤਾ ਸਿੰਘ ਗਿਲਜੀਆਂ ਅਦਾਲਤ ਦੀ ਸ਼ਰਨ ਵਿੱਚ ਜਾ ਕੇ ਬੱਚ ਗਏ ਸਨ। ਦੋ ਵਾਰ ਵਿੱਤ ਮੰਤਰੀ ਰਹੇ ਮਨਪ੍ਰੀਤ ਸਿੰਘ ਬਾਦਲ ਖਿਲਾਫ਼ ਕੇਸ ਤਾਂ ਦਰਜ ਕੀਤਾ ਗਿਆ ਪਰ ਉਹਨਾਂ ਨੂੰ ਅਦਾਲਤ ਤੋਂ ਰਾਹਤ ਮਿਲ ਗਈ ਸੀ। ਸਾਬਕਾ ਉਪ ਮੁੱਖ ਮੰਤਰੀ ਓ.ਪੀ. ਸੋਨੀ ਨੂੰ ਜੇਲ੍ਹ ਜਾਣਿਆ ਪਿਆ ਸੀ ਅਤੇ ਉਹ ਹੁਣ ਜ਼ਮਾਨਤ 'ਤੇ ਬਾਹਰ ਆ ਕੇ ਲੁਧਿਆਣਾ ਤੋਂ ਜ਼ਿਮਨੀ ਚੋਣ ਲੜ ਰਹੇ ਹਨ। ਸਾਬਕਾ ਕਾਂਗਰਸੀ ਕੁਸ਼ਲਦੀਪ ਸਿੰਘ ਢਿੱਲੋਂ ਨੂੰ ਜੇਲ੍ਹ ਜਾਣਾ ਪਿਆ ਸੀ। ਇੱਕ ਹੋਰ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰਾ ਨੂੰ ਵੀ ਅਦਾਲਤ ਤੋਂ ਜ਼ਮਾਨਤ ਮਿਲਣ ਕਾਰਨ ਉਹਨਾਂ ਦਾ ਬਚਾਅ ਹੋ ਗਿਆ ਸੀ। ਸਾਬਕਾ ਵਿਧਾਇਕ ਸਤਿਕਾਰ ਕੌਰ ਵੀ ਜੇਲ੍ਹ ਜਾ ਚੁੱਕੇ ਹਨ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਸਲਾਹਕਾਰ ਬੀਆਈਐਸ ਚਹਿਲ ਵੀ ਵਿਜੀਲੈਂਸ ਦੇ ਸ਼ਿਕੰਜੇ ਵਿੱਚ ਆਉਣ ਤੋਂ ਬਚ ਗਏ। ਵਿਜੀਲੈਂਸ ਨੇ ਸਾਬਕਾ ਮੰਤਰੀ ਬਲਵੀਰ ਸਿੰਘ ਸਿੱਧੂ, ਬ੍ਰਹਮ ਮਹਿੰਦਰਾ ਅਤੇ ਗੁਰਪ੍ਰੀਤ ਸਿੰਘ ਕਾਂਗੜ ਸਮੇਤ ਵਰਿੰਦਰਮੀਤ ਸਿੰਘ ਪਾਹੜਾ ਖ਼ਿਲਾਫ਼ ਵੀ ਜਾਂਚ ਤਾਂ ਸ਼ੁਰੂ ਕੀਤੀ ਸੀ ਪਰ ਕਿਸੇ ਤਣ ਪੱਤਣ ਨਹੀਂ ਲੱਗ ਸਕੀ ਹੈ।

ਵਿਜੀਲੈਂਸ ਵੱਲੋਂ ਪਹਿਲੀ ਜਨਵਰੀ 2022 ਤੋਂ 30 ਅਪ੍ਰੈਲ 2025 ਦੌਰਾਨ ਦਰਜ ਕੇਸਾਂ ਵਿੱਚ ਸਿਰਫ ਨੌ ਗਜ਼ਟਿਡ ਅਫਸਰਾਂ ਨੂੰ ਸਜ਼ਾ ਹੋਈ ਹੈ ਜਦੋਂ ਕਿ 96 ਛੋਟੇ ਅਫਸਰ ਸਜ਼ਾ ਦੇ ਭਾਗੀਦਾਰ ਬਣੇ ਹਨ। ਇਵੇਂ ਹੀ 52 ਪ੍ਰਾਈਵੇਟ ਲੋਕਾਂ ਨੂੰ ਸਜ਼ਾ ਹੋਈ। ਚਾਲੂ ਸਾਲ ਦੌਰਾਨ ਵਿਜੀਲੈਂਸ ਦੀ ਸਜ਼ਾ ਦੀ ਦਰ 31 ਫ਼ੀਸਦੀ ਹੈ ਜਦੋਂ ਕਿ 2024 ਵਿੱਚ 39 ਫ਼ੀਸਦੀ ਸੀ ਅਤੇ ਉਸ ਤੋਂ ਇੱਕ ਸਾਲ ਪਹਿਲਾਂ 37 ਫ਼ੀਸਦੀ ਰਹੀ। ਹੁਣ ਤੱਕ 99 ਗਜ਼ਟਿਡ ਅਫਸਰਾਂ ਅਤੇ 139 ਨਾਨ ਗਜ਼ਟਿਡ ਅਫਸਰਾਂ ਖ਼ਿਲਾਫ਼ ਚੌਕਸੀ ਵਿਭਾਗ ਦੀ ਪੜਤਾਲ ਹੋਈ ਹੈ।

ਗੱਲ ਰਮਨ ਅਰੋੜਾ ਤੋਂ ਮੁੜ ਸ਼ੁਰੂ ਕਰੀਏ ਤਾਂ ਉਸ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਕਈ ਤਰ੍ਹਾਂ ਦੇ ਹਾਸੇ ਠੱਠੇ ਸ਼ੁਰੂ ਹੋ ਗਏ ਹਨ। ਲੋਕਾਂ ਨੇ ਉਸ ਦੀ ਗ੍ਰਿਫ਼ਤਾਰੀ ਨੂੰ ਪਹਿਲਾਂ ਵਾਂਗ ਗੰਭੀਰਤਾ ਨਾਲ ਨਹੀਂ ਲਿਆ ਹੈ। ਉਸ ਉੱਤੇ ਦੋਸ਼ ਹੈ ਕਿ ਉਹ ਜਲੰਧਰ ਨਗਰ ਨਿਗਮ ਦੇ ਅਸਿਸਟੈਂਟ ਟਾਊਨ ਪਲਾਨਰ ਸੁਖਦੇਵ ਵਸ਼ਿਸ਼ਟ ਦੇ ਜ਼ਰੀਏ ਇਮਾਰਤਾਂ ਤੇ ਕਲੋਨੀਆਂ ਦੇ ਲੋਕਾਂ ਨੂੰ ਨੋਟਿਸ ਜਾਰੀ ਕਰਵਾਉਣ ਪਿੱਛੋਂ ਉਹਨਾਂ ਨਾਲ ਸੈਟਿੰਗ ਕਰਕੇ ਮੋਟੀ ਰਕਮ ਲੈਂਦਾ ਰਿਹਾ ਹੈ। ਅਧਿਕਾਰਤ ਸੂਤਰਾਂ ਅਨੁਸਾਰ ਉਹਨਾਂ ਨੇ ਇੱਕ ਹਸਪਤਾਲ ਕੋਲੋਂ ਕਰੋੜਾਂ ਦੀ ਰਿਸ਼ਵਤ ਮੰਗੀ ਸੀ। ਹਸਪਤਾਲ ਪ੍ਰਬੰਧਕਾਂ ਨੇ ਜਦੋਂ 25 ਲੱਖ 'ਤੇ ਗੱਲ ਮੁਕਾਉਣੀ ਚਾਹੀ ਤਾਂ ਉਹ ਮਾਇਆ ਵਾਲਾ ਝੋਲਾ ਉੱਥੇ ਹੀ ਛੱਡ ਕੇ ਆ ਗਏ ਸਨ। ਇੱਕ ਹੋਰ ਹਸਪਤਾਲ ਤੋਂ ਵੀ ਕਰੋੜਾਂ ਰੁਪਏ ਦੀ ਮੰਗ ਕੀਤੀ ਗਈ ਸੀ। ਚਰਚਾ ਹੈ ਕਿ ਉਸ ਨੂੰ ਏਨੀ ਛੋਟੀ ਰਕਮ ਇਸ ਕਰਕੇ ਵਾਰਾ ਨਹੀਂ ਸੀ ਖਾ ਰਹੀ ਕਿਉਂਕਿ ਕਥਿਤ ਤੌਰ 'ਤੇ ਉੱਪਰ ਦਿੱਤੀ ਜਾਣ ਵਾਲੀ ਹਿੱਸਾ ਪੱਤੀ ਇਸ ਤੋਂ ਵੱਧ ਬਣਦੀ ਸੀ। ਲੋਕ ਤਾਂ ਇਹ ਵੀ ਚਰਚਾ ਕਰ ਰਹੇ ਹਨ ਕਿ ਉਸ 'ਤੇ ਕੁਝ ਦਿਨ ਪਹਿਲਾਂ ਤੱਕ ਉੱਪਰ ਵਾਲੇ ਮਿਹਰਬਾਨ ਰਹੇ ਸਨ। ਪਿਛਲੇ ਦਿਨੀਂ ਜਦੋਂ ਉਨ੍ਹਾਂ ਦੀ ਸਕਿਉਰਟੀ ਉੱਤੇ ਕੱਟ ਲਾ ਦਿੱਤਾ ਗਿਆ ਸੀ ਤਦ ਹੀ ਉਹਨਾਂ ਦੇ ਚੰਗੇ ਦਿਨਾਂ ਦੀ ਪੁੱਠੀ ਗਿਣਤੀ ਸ਼ੁਰੂ ਹੋ ਗਈ ਲੱਗਣ ਲੱਗੀ ਸੀ। ਇੱਕ ਹੋਰ ਜਾਣਕਾਰੀ ਅਨੁਸਾਰ ਰਮਨ ਅਰੋੜਾ ਦੇ ਘਰੋਂ ਇੱਕ ਕਿਲੋ ਤੋਂ ਵੱਧ ਸੋਨੇ ਦੇ ਗਹਿਣੇ, ਕਰੀਬ 6 ਲੱਖ ਕੈਸ਼, ਮੋਬਾਇਲ ਫ਼ੋਨ ਅਤੇ ਕਈ ਰਜਿਸਟਰੀਆਂ ਮਿਲੀਆਂ ਹਨ। ਰਮਨ ਅਰੋੜਾ ਉਹ ਸ਼ਖਸ ਹੈ, ਜਿਸ ਨੇ ਭਾਜਪਾ ਦੇ ਆਪਰੇਸ਼ਨ ਲੋਟਸ ਦੀ ਸ਼ਿਕਾਇਤ ਪੰਜਾਬ ਦੇ ਡੀਜੀਪੀ ਕੋਲ ਕੀਤੀ ਸੀ। ਸਾਡੇ ਚੇਤਿਆਂ ਵਿੱਚ ਉਹ ਪਲ ਵੀ ਵਸੇ ਹੋਏ ਹਨ ਜਦੋਂ ਆਪ ਛੱਡ ਕੇ ਗਏ ਸਤੀਸ਼ ਅੰਗੁਰਾਲ ਜਲੰਧਰ ਦੇ ਇੱਕ ਚੌਕ ਵਿੱਚ ਖੜ੍ਹ ਕੇ ਰਮਨ ਅਰੋੜਾ ਉੱਤੇ ਇਲਜ਼ਾਮਾਂ ਦਾ ਢੰਡੋਰਾ ਪਿੱਟਦੇ ਰਹੇ ਹਨ। ਮੇਰੇ ਚੇਤਿਆਂ ਵਿੱਚ ਆਪ ਦਾ ਇੱਕ ਉਹ ਵਿਧਾਇਕ ਵੀ ਆ ਖੜ੍ਹਾ ਹੈ ਜਿਹੜਾ ਸਹੁੰ ਚੁੱਕਣ ਤੋਂ ਪਹਿਲਾਂ ਹੀ ਆਪਣੇ ਇਲਾਕੇ ਦੇ ਤਹਿਸੀਲਦਾਰ ਕੋਲ ਹਿੱਸਾ ਪੱਤੀ ਲੈਣ ਲਈ ਜਾ ਪਹੁੰਚਦਾ ਹੈ। ਵਿਧਾਇਕ ਰਮਨ ਅਰੋੜਾ ਏਟੀਪੀ ਸੁਖਦੇਵ ਵਸ਼ਿਸ਼ਟ ਨਾਲ ਮਿਲ ਕੇ 2022 ਤੋਂ ਖੇਡਦੇ ਆ ਰਹੇ ਹਨ। ਸੁਖਦੇਵ ਨੂੰ 14 ਮਈ ਨੂੰ ਅਰੈਸਟ ਕੀਤਾ ਗਿਆ ਸੀ ਉਸ ਤੋਂ ਬਾਅਦ ਲਗਾਤਾਰ ਪਰਤਾਂ ਖੁੱਲ੍ਹਣ ਲੱਗੀਆਂ। ਉਸ ਵੱਲੋਂ ਪੈਸੇ ਮੰਗਣ ਲਈ 222 ਲੋਕਾਂ ਨੂੰ ਨੋਟਿਸ ਜਾਰੀ ਕੀਤੇ ਗਏ ਪਰ ਇਹਨਾਂ ਵਿੱਚੋਂ 34 ਡਿਸਪੈਚ ਨੰਬਰ ਖ਼ਾਲੀ ਛੱਡ ਦਿੱਤੇ ਗਏ ਸਨ। ਵਿਜੀਲੈਂਸ ਨੂੰ ਅਜਿਹੀਆਂ 30 ਫਾਈਲਾਂ ਮਿਲੀਆਂ ਹਨ। ਇਹਨਾਂ ਵਿੱਚੋਂ 12 ਫਾਈਲਾਂ ਤਾਂ ਅਜਿਹੀਆਂ ਹਨ, ਜਿਨ੍ਹਾਂ ਉੱਤੇ ਐਕਸ਼ਨ ਲੈਣ ਦੇ ਆਦੇਸ਼ ਪਾਸ ਕੀਤੇ ਗਏ ਸਨ ਪਰ ਏਟੀਪੀ ਨੇ ਪਾਸਾ ਵੱਟੀ ਰੱਖਿਆ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਹਿੰਦੇ ਹਨ ਕਿ ਕੋਈ ਵੀ ਅਧਿਕਾਰੀ ਜਾਂ ਸਿਆਸਤਦਾਨ ਭਾਵੇਂ ਉਹ ਕਿੰਨਾ ਹੀ ਰਸੂਖਵਾਨ ਕਿਉਂ ਨਾ ਹੋਵੇ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਕਿਸੇ ਨੂੰ ਬਖਸ਼ਿਆ ਨਹੀਂ ਜਾਵੇਗਾ। ਮੁੱਖ ਮੰਤਰੀ ਦੀ ਕਾਰਵਾਈ ਨੇ ਸਿੱਧ ਕਰ ਦਿੱਤਾ ਹੈ ਕਿ ਭ੍ਰਿਸ਼ਟਾਚਾਰ ਖ਼ਿਲਾਫ਼ ਸ਼ੁਰੂ ਕੀਤੀ ਜੰਗ ਵਿੱਚ ਆਪਣੇ ਬੇਗਾਨੇ ਦਾ ਕੋਈ ਫ਼ਰਕ ਨਹੀਂ ਕੀਤਾ ਜਾਂਦਾ। ਸੱਤਾਧਾਰੀ ਪਾਰਟੀ ਦਾ ਹਿੱਸਾ ਹੋਣ ਜਾਂ ਵਿਰੋਧੀ ਧਿਰ ਨਾਲ ਜੁੜੇ ਹੋਣ ਨਾਲ ਕਿਸੇ ਅਫਸਰ ਜਾਂ ਲੀਡਰ ਨੂੰ ਭ੍ਰਿਸ਼ਟਾਚਾਰ ਕਰਨ ਦਾ ਲਾਈਸੈਂਸ ਨਹੀਂ ਮਿਲ ਜਾਂਦਾ। ਇਸ ਲਈ ਭ੍ਰਿਸ਼ਟਾਚਾਰ ਵਿੱਚ ਕਿਸੇ ਵੀ ਤਰ੍ਹਾਂ ਦੀ ਸ਼ਮੂਲੀਅਤ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਹ ਦਾਅਵਾ ਕਰਦੇ ਹਨ ਕਿ ਲੜਾਈ ਕਿਸੇ ਵਿਅਕਤੀ ਖ਼ਿਲਾਫ ਨਹੀਂ ਸਗੋਂ ਭ੍ਰਿਸ਼ਟਾਚਾਰ ਦੇ ਵਿਰੁੱਧ ਹੈ। ਉਹ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਉਖਾੜ ਦੇਣ ਤੱਕ ਲੜਾਈ ਜਾਰੀ ਰੱਖਣ ਦਾ ਐਲਾਨ ਵੀ ਕਰਦੇ ਹਨ। ਇੱਕ ਗੱਲ ਪੱਕੀ ਹੈ ਕਿ ਮੁੱਖ ਮੰਤਰੀ ਦਾ ਹਰਾ ਪੈਨ ਪਹਿਲੇ ਦਿਨ ਤੋਂ ਹੀ ਰੁਕ ਰੁਕ ਕੇ ਚੱਲਦਾ ਰਿਹਾ ਹੈ। ਹੁਣ ਸਵਾਲ ਖੜ੍ਹਾ ਇਹ ਹੁੰਦਾ ਹੈ ਕਿ ਕੀ ਸਾਬਕਾ ਸਿਹਤ ਮੰਤਰੀ ਵਿਜੇ ਸਿੰਗਲਾ ਦੀ ਤਰ੍ਹਾਂ ਪੰਜਾਬ ਸਰਕਾਰ ਬਚਾਉਣ ਲਈ ਸਰਕਾਰੀ ਵਕੀਲਾਂ ਨੂੰ ਅੱਗੇ ਕਰੇਗੀ ਜਾਂ ਫਿਰ ਉਹ ਭਾਰਤੀ ਜਨਤਾ ਪਾਰਟੀ ਦੀ ਮਸ਼ੀਨ ਵਿੱਚ ਪੈ ਕੇ ਦੁੱਧ ਧੋਤੇ ਹੋ ਜਾਣਗੇ। ਰਵਾਇਤਾਂ ਦੋਵੇਂ ਹੀ ਮਾੜੀਆਂ ਹਨ। ਕਾਂਗਰਸ ਦੇ ਕਈ ਲੀਡਰਾਂ ਨੂੰ ਵੀ ਜਦੋਂ ਆਪ ਦੀ ਸਰਕਾਰ ਨੇ ਹੱਥ ਪਾਇਆ ਸੀ ਤਾਂ ਉਹ ਭਾਜਪਾ ਦੀ ਸ਼ਰਨ ਵਿੱਚ ਚਲੇ ਗਏ ਸਨ।

# ਭਾਰਤੀ ਵਿਦਿਆਰਥੀਆਂ ਲਈ ਬੰਦ ਹੋ ਰਹੇ ਨੇ ਵਿਦੇਸ਼ੀ ਯੂਨੀਵਰਸਿਟੀਆਂ ਦੇ ਦਰਵਾਜ਼ੇ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਇਸ ਵੇਲੇ ਅਮਰੀਕਾ ਦੀ ਹਾਰਵਰਡ ਯੂਨੀਵਰਸਿਟੀ 'ਤੇ ਟਰੰਪ ਦਾ ਫ਼ਤਵਾ ਅਰਥਾਤ ਟਰੰਪ ਦਾ ਡਿਕਟੇਟਰਾਨਾ ਐਲਾਨ ਉਨ੍ਹਾਂ ਵਿਦੇਸ਼ੀ ਵਿਦਿਆਰਥੀ ਲਈ ਉਹਨਾਂ ਦੇ ਭਵਿੱਖ ਲਈ ਬੇਹੱਦ ਮੁਸ਼ਕਲ ਭਰੀ ਘੜੀ ਹੈ। ਇਹ ਉਹ ਵਿਦਿਆਰਥੀ ਹਨ, ਜਿਨ੍ਹਾਂ ਨੇ ਪੂਰੀ ਦੁਨੀਆ ਵਿੱਚੋਂ ਆਪਣੇ ਸੁਪਨਿਆਂ ਨੂੰ ਸੱਚ ਕਰਨ ਵਾਸਤੇ ਅਮਰੀਕਾ ਦੇ ਅਤਿਅੰਤ ਪੁਰਾਣੇ ਤੇ ਮਹੱਤਵਪੂਰਨ ਹਾਰਡਵਰਡ ਯੂਨੀਵਰਸਿਟੀ ਵਿੱਚ ਅਲੱਗ ਅਲੱਗ ਵਿਸ਼ਿਆਂ ਵਿੱਚ ਪੜ੍ਹਾਈ ਖੋਜ ਅਤੇ ਹੋਰ ਵੱਡੀਆਂ ਡਿਗਰੀਆਂ ਲੈਣ ਵਾਸਤੇ ਆਪਣੇ ਆਪ ਨੂੰ ਇਨਰੋਲ ਕੀਤਾ ਸੀ। ਭਾਰਤੀ ਵਿਦਿਆਰਥੀਆਂ ਵਾਸਤੇ ਇਹ ਹੋਰ ਵੀ ਡਰਾਉਣੀ ਸਥਿਤੀ ਹੈ, 2000 ਤੋਂ 2025 ਤੱਕ ਵਿਦਿਆਰਥੀਆਂ ਤੋਂ ਸ਼ੁਰੂ ਹੋਏ ਦਾਖ਼ਲੇ ਹਾਰਵਰਡ ਵਿੱਚ ਇਸ ਵਕਤ 877 ਭਾਰਤੀ ਵਿਦਿਆਰਥੀ ਪੜ੍ਹਦੇ ਹਨ ਹਾਲਾਂਕਿ ਉਸ ਵਿੱਚੋਂ ਪੰਜਾਬੀ ਵਿਦਿਆਰਥੀਆਂ ਦੀ ਗਿਣਤੀ ਕਾਫ਼ੀ ਘੱਟ ਹੈ ਪਰੰਤੂ ਪੰਜਾਬੀ ਵਿਦਿਆਰਥੀਆਂ ਦਾ ਇੱਕ ਵੱਡਾ ਬੇਰੁਜ਼ਗਾਰ ਵਰਗ ਅਤੇ ਉਹਨਾਂ ਦੇਸ਼ਾਂ ਵਿੱਚ ਵੱਸਣ ਦੀ ਸਿੱਕ ਕਾਰਨ ਕੈਨੇਡਾ ਪਹਿਲੀ ਪਸੰਦ ਰਿਹਾ ਤੇ ਆਸਟਰੇਲੀਆ ਦੂਸਰੀ। ਪਰ ਹੁਣ ਜਿਸ ਤਰ੍ਹਾਂ ਪਿਛਲੇ ਸਾਲਾਂ ਦੇ ਵਿੱਚ ਕੈਨੇਡਾ ਦੀ ਸਰਕਾਰ ਨੇ ਵੀ 30% ਵਿਦਿਆਰਥੀ ਵੀਜੇ ਬੰਦ ਕਰ ਦਿੱਤੇ ਹਨ ਉਹਨਾਂ 'ਤੇ ਕੈਨੇਡਾ ਵਿੱਚ ਵੀ ਇੱਕ ਕਟੌਤੀ 30 ਤੋਂ 35 ਕਰ ਦਿੱਤੀ ਗਈ ਹੈ। ਪ੍ਰੰਤੂ ਜਿਸ ਢੰਗ ਨਾਲ ਯੂਰਪੀਅਨ ਯੂਨੀਵਰਸਿਟੀਆਂ ਅਤੇ ਗ੍ਰੇਟ ਬ੍ਰਿਟੇਨ ਨੇ ਵੀ 30% ਵਜ਼ੀਫ਼ੇ ਅਤੇ 30% ਦੂਸਰੇ ਦਾਖ਼ਲੇ ਘੱਟ ਕਰ ਦਿੱਤੇ ਹਨ।

ਇਸਦਾ ਸਿੱਧਾ ਨਤੀਜਾ ਇਹ ਹੈ ਕਿ ਪੰਜਾਬ ਦੇ ਬੱਚੇ ਅਰਥਾਤ ਭਾਰਤ ਦੇ ਟੋਟਲ ਪ੍ਰਤੀਸ਼ਤ ਬੱਚਿਆਂ 'ਤੇ ਇਹ ਮਾਰ ਪਏਗੀ ਕਿ ਉਹ ਆਪਣੇ ਸੁਪਨਿਆਂ ਦੀ ਧਰਤੀ 'ਤੇ ਆਪਣੇ ਚੰਗੇ ਭਵਿੱਖ ਲਈ ਹੁਣ ਉਹ ਵਿਦੇਸ਼ ਉਸ ਤਰ੍ਹਾਂ ਨਹੀਂ ਜਾ ਸਕਦੇ ਜਿਸ ਤਰ੍ਹਾਂ ਪਹਿਲ੍ਹਾਂ ਖੁੱਲੀ ਤਰ੍ਹਾਂ ਨਾਲ ਜਾ ਸਕਦੇ ਸਨ। ਇਸ ਲਈ ਇਹ ਕਿਉਂ ਹੋਇਆ, ਇਸ ਨੂੰ ਪੰਜਾਬੀ ਵਿਦਿਆਰਥੀ ਤੇ ਮਾਪੇ ਚੰਗੀ ਤਰ੍ਹਾਂ ਜਾਣਦੇ ਹਨ। ਪੰਜਾਬ ਵਿੱਚੋਂ ਵਿਦੇਸ਼ਾਂ ਵਿੱਚ ਜਾਣ ਦੀ ਇੱਕ ਭਾਰੀ ਰਿਵਾਜ਼ ਦੀ ਤਰ੍ਹਾਂ ਇੱਕ ਰੀਤੀ ਬਣ ਚੁੱਕੀ ਹੈ ਤੇ ਪਿਛਲੇ ਦਸਾਂ ਸਾਲਾਂ ਦੇ ਵਿੱਚ ਜਾਣ ਵਾਲਿਆਂ ਦਾ ਜੇ ਅੰਕੜਾ ਚੁੱਕ ਕੇ ਦੇਖੀਏ ਤਾਂ ਇਹ ਭਿਆਨਕ ਅਤੇ ਡਰਾਉਣ ਵਾਲਾ ਹੈ।

ਸੰਨ 2000 ਤੋਂ ਲੈ ਕੇ ਹੁਣ ਦੀ ਸਥਿਤੀ ਵਿੱਚ ਅਰਥਾਤ ਪਿਛਲੇ ਸਾਲ ਕੈਨੇਡਾ ਆਸਟਰੇਲੀਆ ਦੀਆਂ ਯੂਨੀਵਰਸਿਟੀਆਂ ਦੇ ਵਿੱਚ ਜੇ ਪੰਜਾਬੀ ਵਿਦਿਆਰਥੀਆਂ ਦਾ ਦਾਖ਼ਲਾ ਦੇਖਿਆ ਜਾਏ ਤਾਂ ਇਕੱਲੇ ਪੰਜਾਬ ਦੇ ਵਿੱਚੋਂ ਸਾਢੇ ਤਿੰਨ ਲੱਖ ਤੋਂ ਜ਼ਿਆਦਾ ਬੱਚੇ ਲੜਕੇ ਲੜਕੀਆਂ ਵਿਦੇਸ਼ੀ ਯੂਨੀਵਰਸਿਟੀਆਂ ਦੇ ਵਿੱਚ ਐਡਮਿਸ਼ਨ ਲੈਣ ਵਾਸਤੇ ਗਏ ਹਨ ਅਤੇ ਉਹ ਐਸੇ ਐਡਮਿਸ਼ਨ ਹਨ, ਜਿਨਾਂ ਵਿੱਚ ਗ੍ਰੈਜੂਏਸ਼ਨ ਅਤੇ ਉਹ ਰੋਜ਼ਗਾਰ ਮੁਖੀ ਕਿੱਤੇ ਹਨ, ਜਿਹਨਾਂ ਤੋਂ ਉਸ ਨੂੰ ਉਹ ਆਪਣਾ ਭਵਿੱਖ ਸਵਾਰ ਕੇ ਉੱਥੇ ਪੀਆਰ ਲੈਣ ਦੇ ਢੰਗ ਨਾਲ ਦੇਖੇ ਜਾਂਦੇ ਹਨ ਪਰੰਤੂ ਕੀ ਤੁਸੀਂ ਮੰਨ ਸਕਦੇ ਹੋ ਕਿ 31 ਹਜ਼ਾਰ ਕਰੋੜ ਰੁਪਈਆ ਇਹਨਾਂ ਬੱਚਿਆਂ ਦੀ ਸਲਾਨਾ ਫ਼ੀਸ ਤੇ ਪੰਜਾਬ ਵਿੱਚੋਂ ਵਿਦੇਸ਼ਾਂ ਵਿੱਚ ਚਲਾ ਜਾਂਦਾ ਹੈ ਅਤੇ ਇਹ ਉਹ ਪੈਸਾ ਹੈ, ਜਿਸ ਦੇ ਵਿੱਚ ਯੂਰਪੀਅਨ ਦੇਸ਼ਾਂ ਆਸਟਰੇਲੀਆ ਅਤੇ ਅਮਰੀਕਾ ਵਰਗੇ ਮਹਿੰਗੇ ਦੇਸ਼ਾਂ ਵਿੱਚ ਗਏ ਹੋਏ ਪੰਜਾਬੀ ਬੱਚਿਆਂ ਦਾ ਪੈਸਾ ਜੇ ਜੋੜ ਕੇ ਦੇਖੀਏ ਤਾਂ ਤੁਸੀਂ ਅੰਦਾਜ਼ਾ ਲਗਾ ਸਕਦੇ ਹੋ ਕਿ ਕਿੰਨੇ ਹਜ਼ਾਰ ਕਰੋੜ ਭਾਰਤੀ ਪੈਸਾ ਵਿਦੇਸ਼ਾਂ ਵਿੱਚ ਜਾਂਦਾ ਹੈ। ਇਕੱਲੇ ਵਿਦਿਆਰਥੀਆਂ ਦੇ ਦਾਖ਼ਲੇ 'ਤੇ ਅਤੇ ਪੰਜਾਬ ਵਿੱਚੋਂ ਜਿਸ ਤਰ੍ਹਾਂ ਕਬੂਤਰ ਉਡਾਰੀ ਅਤੇ ਚੰਗੇ ਭਵਿੱਖ ਦੀ ਆਸ ਵਿੱਚ ਬੱਚੇ ਕਿਸੇ ਵੀ ਤਰ੍ਹਾਂ ਦਾਖ਼ਲਾ ਲੈ ਕੇ ਉੱਥੇ ਵੱਸਣ ਦੇ ਪ੍ਰਪੰਚ ਵਿੱਚ ਪੀਆਰ ਵਾਸਤੇ ਭਟਕਦੇ ਹਨ, ਉਹ ਵੀ ਹੁਣ ਇੱਕ ਤਰਸਯੋਗ ਕਹਾਣੀ ਹੈ।

ਪਰ ਕੈਂਬਰੇਜ਼ ਤੇ ਹਾਰਵਰਡ ਵਰਗੀ ਕਹਾਣੀ 'ਤੇ ਜਿੱਥੇ ਪੰਜਾਬੀ ਵਿਦਿਆਰਥੀਆਂ ਦੀ ਗਿਣਤੀ ਬੇਹੱਦ ਘੱਟ ਹੈ ਕਿਉਂਕਿ ਇੱਥੇ ਖੋਜ ਦਾ ਅਤੇ ਉਨ੍ਹਾਂ ਦਾ ਸਟੈਂਡਰਡ ਉੱਚਾ ਹੈ, ਜਿਸ ਨੂੰ ਬਹੁਤ ਘੱਟ ਪ੍ਰਤੀਸ਼ਤ ਬੱਚੇ ਪੰਜਾਬ ਵਿੱਚੋਂ ਪਾਸ ਕਰਦੇ ਹਨ, ਉਹ ਸਸਤਾ ਤਰੀਕਾ ਕੈਨੇਡਾ ਆਸਟਰੇਲੀਆ ਤੇ ਹੋਰ ਨਿਊਜ਼ੀਲੈਂਡ ਵਰਗੇ ਸਸਤੇ ਤੇ ਛੋਟੇ ਦੇਸ਼ਾਂ ਦਾ ਰਾਹ ਅਪਣਾਉਂਦੇ ਹਨ। ਪਿਛਲੇ ਦਿਨਾਂ ਵਿੱਚ ਹਾਰਵਰਡ ਬਾਰੇ ਟਰੰਪ ਦੇ ਐਲਾਨ ਨੇ ਜਿਸ ਤਰ੍ਹਾਂ ਪੂਰੀ ਦੁਨੀਆ ਨੂੰ ਤੰਗ ਕੀਤਾ ਹੈ, ਉਸਦਾ ਸਿੱਧਾ ਅਸਰ ਭਾਰਤੀ ਬੱਚਿਆਂ ਅਤੇ ਵਿਸ਼ੇਸ਼ਕਰ ਪੰਜਾਬੀ ਵਿਦਿਆਰਥੀ 'ਤੇ ਵੀ ਪਿਆ ਹੈ।

ਟਰੰਪ ਨੇ ਪਿਛਲੇ ਦਿਨਾਂ ਦੇ ਵਿੱਚ ਹਾਰਵਰਡ ਯੂਨੀਵਰਸਿਟੀ ਦੇ ਵਿੱਚ ਵੱਖ-ਵੱਖ ਬਿੰਦੂਆਂ 'ਤੇ ਚਰਚਾ ਕਰਨ ਤੋਂ ਬਾਅਦ ਸਿੱਧਾ ਵਿਦੇਸ਼ੀ ਵਿਦਿਆਰਥੀਆਂ ਅਤੇ ਯੂਨੀਵਰਸਿਟੀ ਦੀ ਫੰਡਿੰਗ ਨੂੰ ਟੋਟਲ ਰੋਕ ਦਿੱਤਾ ਹੈ ਹਾਲਾਂਕਿ ਇਹ ਵੀ ਸੱਚ ਹੈ ਕਿ ਉੱਥੇ ਫੈਡਰਲ ਜੱਜ ਨੇ ਉਹਨਾਂ ਦੇ ਇਸ ਇਕ ਤਰਫ਼ਾ ਹੁਕਮ ਨੂੰ ਰੱਦ ਕਰ ਦਿੱਤਾ ਹੈ ਪਰੰਤੂ ਫ਼ਿਰ ਵੀ ਟਰੰਪ ਦਾ ਡਿਕਟੇਟਰਾਨਾ ਆਦੇਸ਼ ਵਿਦੇਸ਼ੀ ਵਿਦਿਆਰਥੀਆਂ ਲਈ ਖ਼ਤਰਾ ਬਣਿਆ ਹੋਇਆ ਹੈ ਅਤੇ ਆਉਣ ਵਾਲੇ ਦਿਨਾਂ ਦੇ ਵਿੱਚ ਇਹ ਭਾਰਤੀ ਵਿਦਿਆਰਥੀਆਂ ਲਈ ਹੋਰ ਵੀ ਖ਼ਤਰਾ ਹੈ। ਜਿਵੇਂ ਕਿ ਪਹਿਲਾਂ ਦੱਸਿਆ ਗਿਆ ਕਿ ਇਸ ਵਕਤ 500 ਤੋਂ ਲੈ ਕੇ ਵੱਡੀ ਗਿਣਤੀ 877 ਬੱਚੇ ਹਾਰਵਰਡ ਯੂਨੀਵਰਸਿਟੀ ਵਿੱਚ ਭਾਰਤ ਤੋਂ ਗਏ ਹੋਏ ਹਨ, ਜਿਹੜੇ ਅਲੱਗ ਅਲੱਗ ਕੋਰਸਾਂ ਵਿੱਚ ਪੜ੍ਹ ਰਹੇ ਹਨ। ਪ੍ਰੰਤੂ ਜਿਸ ਤਰ੍ਹਾਂ ਟਰੰਪ ਨੇ ਇਹਨਾਂ ਅਮਰੀਕੀ ਯੂਨੀਵਰਸਿਟੀਆਂ 'ਤੇ ਦੋਸ਼ ਲਗਾਏ ਹਨ ਕਿ ਫਿਲਸਤੀਨੀ ਨੂੰ ਲੈ ਕੇ ਗਾਜ਼ਾ ਦੇ ਹੱਕ ਵਿੱਚ ਜਿਸ ਤਰ੍ਹਾਂ ਮੁਜ਼ਾਹਰੇ ਹੋਏ ਹਨ, ਟਰੰਪ ਨੇ ਇਹਨਾਂ ਨੂੰ ਯਹੂਦੀਆਂ ਵਿਰੁੱਧ ਇੱਕ ਕੰਪੇਨ ਕਰਨ ਵਾਲੇ ਯੂਨੀਵਰਸਿਟੀ ਅਤੇ ਟੈਰੋਰਿਜ਼ਮ ਨੂੰ ਭੜਕਾਉਣ ਵਾਲੀ ਨੀਤੀ 'ਤੇ ਚਲਦੇ ਹੋਏ ਯੂਨੀਵਰਸਿਟੀ ਦੱਸਿਆ ਹੈ।

ਇੱਥੇ ਵੀ ਵਰਨਣਯੋਗ ਹੈ ਕਿ ਸ਼ਾਇਦ ਟਰੰਪ ਭੁੱਲ ਗਏ ਹਨ ਕਿ ਦੁਨੀਆਂ ਵਿੱਚੋਂ ਸਭ ਤੋਂ ਜ਼ਿਆਦਾ ਨੋਬਲ ਪੁਰਸਕਾਰ ਜਿੱਤਣ ਵਾਲੇ ਸਾਇੰਟਿਸਟ ਅਤੇ ਦੂਸਰੇ ਲੋਕ ਹਾਰਵਰਡ ਯੂਨੀਵਰਸਿਟੀ ਤੋਂ ਹੀ ਆਉਂਦੇ ਹਨ। ਇਸੇ ਕਰਕੇ ਲੋਕ ਹਾਰਵਰਡ ਯੂਨੀਵਰਸਿਟੀ ਦਾ ਸਿੱਕਾ ਪੜ੍ਹਾਈ ਦੇ ਖੇਤਰ ਵਿੱਚ ਮੰਨਦੇ ਹਨ।

ਆਓ ਦੇਖਦੇ ਹਾਂ ਕਿ ਪਿਛਲੇ ਦਿਨਾਂ ਦੇ ਵਿੱਚ ਹੋਈਆਂ ਘਟਨਾਵਾਂ ਨੇ ਹਾਰਵਰਡ ਅਤੇ ਟਰੰਪ ਦੇ ਬਹਾਨੇ ਦੁਨੀਆਂ ਦੇ ਵਿਦਿਆਰਥੀ ਅਤੇ ਭਾਰਤੀ ਵਿਦਿਆਰਥੀਆਂ ਦੇ ਭਵਿੱਖ ਬਾਰੇ ਕਿਹੋ ਜਿਹੇ ਫ਼ੈਸਲੇ ਲਏ ਜਾ ਸਕਦੇ ਹਨ। ਪ੍ਰਾਪਤ ਖਬਰਾਂ ਦੇ ਅਨੁਸਾਰ ਇਹ ਉੱਥੇ ਯੂਨੀਵਰਸਿਟੀਆਂ ਨੂੰ 19 ਮਹੀਨਿਆਂ ਤੋਂ ਵੱਧ ਸਮੇਂ ਤੱਕ ਸਹਿਣਾ ਪਿਆ ਹੈ, ਜਿਸ ਨਾਲ ਉਨ੍ਹਾਂ ਦੀ ਸਿੱਖਿਆ, ਸੁਰੱਖਿਆ ਅਤੇ ਤੰਦਰੁਸਤੀ ਵਿੱਚ ਵਿਘਨ ਪਿਆ ਹੈ, ਸਿਵਲ ਰਾਈਟਸ ਦਫਤਰ ਦੇ ਕਾਰਜਕਾਰੀ ਨਿਰਦੇਸ਼ਕ ਐਂਥਨੀ ਆਰਚੇਵਲ ਨੇ ਕਾਰਵਾਈ 'ਤੇ ਇੱਕ ਬਿਆਨ ਵਿੱਚ ਦੱਸਿਆ ਹੈ ਹੁਣ ਅਸੀਂ ਕੋਲੰਬੀਆ ਯੂਨੀਵਰਸਿਟੀ ਨੂੰ ਸਾਡੇ ਨਾਲ ਕੰਮ ਕਰਨ ਲਈ ਉਤਸ਼ਾਹਿਤ ਕਰਦੇ ਹਾਂ ਤਾਂ ਜੋ ਇੱਕ ਅਜਿਹਾ ਸਮਝੌਤਾ ਕੀਤਾ ਜਾ ਸਕੇ ਜੋ ਅਰਥਪੂਰਨ ਤਬਦੀਲੀਆਂ ਨੂੰ ਦਰਸਾਉਂਦਾ ਹੋਵੇ ਜੋ ਸੱਚਮੁੱਚ ਯਹੂਦੀ ਵਿਦਿਆਰਥੀਆਂ ਦੀ ਰੱਖਿਆ ਕਰਨ। ਕੋਲੰਬੀਆ ਯੂਨੀਵਰਸਿਟੀ ਵੀ ਟਰੰਪ ਦੇ ਐਲਾਨ ਨਾਲ ਪਾਬੰਦੀਆਂ ਦੇ ਥੱਲੇ ਹੈ

ਉਧਰ ਨਿਊਯਾਰਕ ਟਾਈਮਜ਼ ਦੀ ਇੱਕ ਰਿਪੋਰਟ ਅਨੁਸਾਰ, ਇਸ ਮਹੀਨੇ ਦੇ ਸ਼ੁਰੂ ਵਿੱਚ ਟਰੰਪ ਪ੍ਰਸ਼ਾਸਨ ਵੱਲੋਂ ਕੋਲੰਬੀਆ ਯੂਨੀਵਰਸਿਟੀ ਵਿੱਚ ਫ਼ਲਸਤੀਨ ਪੱਖੀ ਪ੍ਰਦਰਸ਼ਨਕਾਰੀਆਂ ਦੀ ਜਾਂਚ ਦੇ ਆਦੇਸ਼ਾਂ ਨੇ ਨਿਆਂ ਵਿਭਾਗ ਦੇ ਅੰਦਰ ਚਿੰਤਾ ਪੈਦਾ ਕਰ ਦਿੱਤੀ। ਇੱਕ ਸੰਘੀ ਜੱਜ ਨੇ ਜਾਂਚ ਲਈ ਸਰਚ ਵਾਰੰਟ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਇਸ ਸਾਲ ਦੇ ਸ਼ੁਰੂ ਵਿੱਚ, ਕੋਲੰਬੀਆ ਯੂਨੀਵਰਸਿਟੀ ਨੇ ਟਰੰਪ ਪ੍ਰਸ਼ਾਸਨ ਦੀਆਂ ਮੰਗਾਂ ਦੀ ਇੱਕ ਸੂਚੀ ਲਈ ਸਹਿਮਤੀ ਪ੍ਰਗਟਾਈ, ਜਿਸ ਵਿੱਚ ਯੂਨੀਵਰਸਿਟੀ ਨੂੰ £400 ਮਿਲੀਅਨ ਦੇ ਗ੍ਰਾਂਟ ਅਤੇ ਸੰਘੀ ਫੰਡ ਰੱਦ ਕੀਤੇ ਗਏ ਸਨ, ਕਿਉਂਕਿ ਯੂਨੀਵਰਸਿਟੀ ਵੱਲੋਂ ਯਹੂਦੀਆਂ ਦੀ ਰੱਖਿਆ ਲਈ ਕੋਈ ਕਾਰਵਾਈ ਨਾ ਕਰਨ ਦੇ ਦਾਅਵਿਆਂ ਕਾਰਨ ਪਰ ਹਾਰਵਰਡ ਨੇ ਵੱਡੀ ਕਾਰਵਾਈ ਕੀਤੀ, ਵਿਦੇਸ਼ੀ ਵਿਦਿਆਰਥੀਆਂ ਨੂੰ ਦਾਖਲਾ ਲੈਣ ਤੋਂ ਰੋਕਿਆ, ਹੁਣ ਤੁਸੀਂ ਸੋਚ ਸਕਦੇ ਹੋ ਕਿ ਇੱਥੇ ਪੜ੍ਹ ਰਹੇ ਭਾਰਤੀਆਂ ਦਾ ਕੀ ਹੋਵੇਗਾ ਹਾਰਵਰਡ ਯੂਨੀਵਰਸਿਟੀ ਨਿਊਜ਼ ਵਿਚ ਦੱਸਿਆ ਹੈ ਕਿ ਹਾਰਵਰਡ ਯੂਨੀਵਰਸਿਟੀ ਵਿੱਚ 6800 ਵਿਦੇਸ਼ੀ ਵਿਦਿਆਰਥੀ ਪੜ੍ਹ ਰਹੇ ਹਨ। ਟਰੰਪ ਸਰਕਾਰ ਦੇ ਫੈਸਲੇ ਤੋਂ ਬਾਅਦ, ਇਨ੍ਹਾਂ ਸਾਰੇ ਵਿਦਿਆਰਥੀਆਂ ਦਾ ਭਵਿੱਖ ਖ਼ਤਰੇ ਵਿੱਚ ਹੈ। ਇਹ ਵਿਦਿਆਰਥੀ ਸਮਝ ਨਹੀਂ ਪਾ ਰਹੇ ਕਿ ਅੱਗੇ ਕੀ ਕਰਨਾ ਹੈ। ਹਾਰਵਰਡ ਯੂਨੀਵਰਸਿਟੀ ਦੇ SEVP ਰੱਦ ਕਰ ਦਿੱਤੇ ਗਏ ਹਨ। ਰਾਸ਼ਟਰਪਤੀ ਡੋਨਾਲਡ ਟਰੰਪ ਦੀ ਸਰਕਾਰ ਅਤੇ ਹਾਰਵਰਡ ਯੂਨੀਵਰਸਿਟੀ ਵਿਚਕਾਰ ਟਕਰਾਅ ਕਾਫ਼ੀ ਵੱਧ ਗਿਆ ਹੈ। ਟਰੰਪ ਪ੍ਰਸ਼ਾਸਨ ਨੇ ਹਾਰਵਰਡ ਯੂਨੀਵਰਸਿਟੀ ਤੇ ਵਿਦੇਸ਼ੀ ਵਿਦਿਆਰਥੀਆਂ ਦੇ ਦਾਖਲੇ 'ਤੇ ਪਾਬੰਦੀ ਲਗਾ ਦਿੱਤੀ ਹੈ। ਸਰਕਾਰ ਦੇ ਇਸ ਫੈਸਲੇ ਕਾਰਨ ਹਜ਼ਾਰਾਂ ਵਿਦੇਸ਼ੀ ਵਿਦਿਆਰਥੀਆਂ ਦਾ ਭਵਿੱਖ ਖ਼ਤਰੇ ਵਿੱਚ ਹੈ। ਇਸ ਵਿੱਚ ਸੈਂਕੜੇ ਭਾਰਤੀ ਵਿਦਿਆਰਥੀ ਵੀ ਸ਼ਾਮਲ ਹਨ, ਜੋ ਇਸ ਸਮੇਂ ਬਹੁਤ ਚਿੰਤਤ ਹਨ। ਅਜਿਹੀ ਸਥਿਤੀ ਵਿੱਚ, ਆਓ ਜਾਣਦੇ ਹਾਂ ਕਿ ਹਾਰਵਰਡ ਯੂਨੀਵਰਸਿਟੀ ਵਿੱਚ ਪੜ੍ਹ ਰਹੇ ਭਾਰਤੀ ਵਿਦਿਆਰਥੀਆਂ ਦਾ ਕੀ ਹੋਣ ਵਾਲਾ ਹੈ ਤੇ ਹਾਰਵਰਡ ਯੂਨੀਵਰਸਿਟੀ ਵਿੱਚ ਕਿੰਨੇ ਭਾਰਤੀ ਵਿਦਿਆਰਥੀ ਹਨ?

ਹਾਰਵਰਡ ਦੀ ਅਧਿਕਾਰਤ ਵੈੱਬਸਾਈਟ ਦੇ ਅਨੁਸਾਰ, ਹਰ ਸਾਲ 500 ਤੋਂ 800 ਭਾਰਤੀ ਵਿਦਿਆਰਥੀ ਅਤੇ ਵਿਦਵਾਨ ਇੱਥੇ ਪੜ੍ਹਾਈ ਕਰਨ ਲਈ ਆਉਂਦੇ ਹਨ। ਇਸ ਵੇਲੇ ਭਾਰਤ ਤੋਂ 788 ਵਿਦਿਆਰਥੀ ਇੱਥੇ ਪੜ੍ਹ ਰਹੇ ਹਨ। ਸਰਕਾਰ ਦੇ ਇਸ ਫੈਸਲੇ ਦਾ ਵੱਡਾ ਪ੍ਰਭਾਵ ਪੈ ਸਕਦਾ ਹੈ। ਇਸ ਯੂਨੀਵਰਸਿਟੀ ਵਿੱਚ ਲਗਭਗ 6,800 ਵਿਦੇਸ਼ੀ ਵਿਦਿਆਰਥੀ ਪੜ੍ਹ ਰਹੇ ਹਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਪੋਸਟ-ਗ੍ਰੈਜੂਏਟ ਕੋਰਸਾਂ ਵਿੱਚ ਦਾਖਲ ਹਨ। ਸਰਕਾਰ ਦੇ ਫੈਸਲੇ ਤੋਂ ਬਾਅਦ, ਹੁਣ ਇਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਅਗਲੇ ਕਦਮ ਬਾਰੇ ਸੋਚਣਾ ਪਵੇਗਾ। ਉਧਰ, ਹੋਮਲੈਂਡ ਸਕਿਓਰਿਟੀ ਸੈਕਟਰੀ ਕ੍ਰਿਸਟੀ ਨੋਇਮ ਨੇ ਡੀਐਚਐਸ ਨੂੰ ਹਾਰਵਰਡ ਯੂਨੀਵਰਸਿਟੀ ਦੇ ਸਟੂਡੈਂਟ ਐਂਡ ਐਕਸਚੇਂਜ ਵਿਜ਼ਿਟਰ ਪ੍ਰੋਗਰਾਮ (ਐਸਈਵੀਪੀ) ਸਰਟੀਫਿਕੇਸ਼ਨ ਨੂੰ ਖਤਮ ਕਰਨ ਦਾ ਹੁਕਮ ਦਿੱਤਾ ਹੈ।

ਇਸਦਾ ਮਤਲਬ ਹੈ ਕਿ ਹਾਰਵਰਡ ਹੁਣ ਵਿਦੇਸ਼ੀ ਵਿਦਿਆਰਥੀਆਂ ਨੂੰ ਦਾਖਲਾ ਨਹੀਂ ਦੇ ਸਕਦਾ ਅਤੇ ਮੌਜੂਦਾ ਵਿਦੇਸ਼ੀ ਵਿਦਿਆਰਥੀਆਂ ਨੂੰ ਟ੍ਰਾਂਸਫਰ ਕਰਨਾ ਪਵੇਗਾ ਜਾਂ ਆਪਣੀ ਕਾਨੂੰਨੀ ਸਥਿਤੀ ਗੁਆ ਦੇਣੀ ਪਵੇਗੀ। ਹਾਰਵਰਡ ਦੀ ਲੀਡਰਸ਼ਿਪ ਨੇ ਅਮਰੀਕਾ ਵਿਰੋਧੀ, ਅੱਤਵਾਦ ਪੱਖੀ ਅੰਦੋਲਨਕਾਰੀਆਂ ਨੂੰ ਕਈ ਯਹੂਦੀ ਵਿਦਿਆਰਥੀਆਂ ਸਮੇਤ ਵਿਅਕਤੀਆਂ ਨੂੰ ਤੰਗ ਕਰਨ ਅਤੇ ਸਰੀਰਕ ਤੌਰ 'ਤੇ ਹਮਲਾ ਕਰਨ ਦੀ ਇਜਾਜ਼ਤ ਦੇ ਕੇ ਅਤੇ ਇਸਦੇ ਕਦੇ ਸਤਿਕਾਰਯੋਗ ਸਿੱਖਣ ਦੇ ਵਾਤਾਵਰਣ ਵਿੱਚ ਰੁਕਾਵਟ ਪਾ ਕੇ ਇੱਕ ਅਸੁਰੱਖਿਅਤ ਕੈਂਪਸ ਵਾਤਾਵਰਣ ਬਣਾਇਆ ਹੈ। ਇਹਨਾਂ ਅੰਦੋਲਨਕਾਰੀਆਂ ਵਿੱਚੋਂ ਬਹੁਤ ਸਾਰੇ ਵਿਦੇਸ਼ੀ ਵਿਦਿਆਰਥੀ ਹਨ। ਹਾਰਵਰਡ ਦੀ ਲੀਡਰਸ਼ਿਪ ਨੇ ਸੀਸੀਪੀ ਨਾਲ ਤਾਲਮੇਲ ਵਾਲੀਆਂ ਗਤੀਵਿਧੀਆਂ ਨੂੰ ਹੋਰ ਵੀ ਸੁਵਿਧਾਜਨਕ ਬਣਾਇਆ ਅਤੇ ਇਸ ਵਿੱਚ ਸ਼ਾਮਲ ਹੋਇਆ, ਜਿਸ ਵਿੱਚ ਉਈਗਰ ਨਸਲਕੁਸ਼ੀ ਵਿੱਚ ਸ਼ਾਮਲ ਸੀਸੀਪੀ ਅਰਧ ਸੈਨਿਕ ਸਮੂਹ ਦੇ ਮੈਂਬਰਾਂ ਦੀ ਮੇਜ਼ਬਾਨੀ ਅਤੇ ਸਿਖਲਾਈ ਸ਼ਾਮਲ ਸੀ। ਇਹ ਪ੍ਰਸ਼ਾਸਨ ਹਾਰਵਰਡ ਨੂੰ ਹਿੰਸਾ, ਯਹੂਦੀ ਵਿਰੋਧੀ ਭਾਵਨਾ ਨੂੰ ਉਤਸ਼ਾਹਿਤ ਕਰਨ ਅਤੇ ਆਪਣੇ ਕੈਂਪਸ ਵਿੱਚ ਚੀਨੀ ਕਮਿਊਨਿਸਟ ਪਾਰਟੀ ਨਾਲ ਤਾਲਮੇਲ ਬਣਾਉਣ ਲਈ ਜ਼ਿੰਮੇਵਾਰ ਠਹਿਰਾ ਰਿਹਾ ਹੈ ਅਤੇ ਇਹ ਯੂਨੀਵਰਸਿਟੀਆਂ ਲਈ ਇੱਕ ਵਿਸ਼ੇਸ਼ ਅਧਿਕਾਰ ਹੈ, ਅਧਿਕਾਰ ਨਹੀਂ, ਵਿਦੇਸ਼ੀ ਵਿਦਿਆਰਥੀਆਂ ਨੂੰ ਦਾਖਲ ਕਰਨਾ ਅਤੇ ਉਨ੍ਹਾਂ ਦੀਆਂ ਉੱਚ ਟਿਊਸ਼ਨ ਅਦਾਇਗੀਆਂ ਦਾ ਲਾਭ ਉਠਾਉਣਾ ਉਨ੍ਹਾਂ ਦੇ ਅਰਬਾਂ ਡਾਲਰ ਦੇ ਫੰਡਾਂ ਨੂੰ ਵਧਾਉਣ ਵਿੱਚ ਮਦਦ ਕਰਨ ਲਈ। ਹਾਰਵਰਡ ਕੋਲ ਸਹੀ ਕੰਮ ਕਰਨ ਦਾ ਕਾਫ਼ੀ ਮੌਕਾ ਸੀ ਪਰ ਇਸਨੇ ਇਨਕਾਰ ਕਰ ਦਿੱਤਾ। ਕਾਨੂੰਨ ਦੀ ਪਾਲਣਾ ਕਰਨ ਵਿੱਚ ਅਸਫਲ ਰਹਿਣ ਦੇ ਨਤੀਜੇ ਵਜੋਂ ਉਨ੍ਹਾਂ ਨੇ ਆਪਣਾ ਵਿਦਿਆਰਥੀ ਅਤੇ ਐਕਸਚੇਂਜ ਵਿਜ਼ਿਟਰ ਪ੍ਰੋਗਰਾਮ ਪ੍ਰਮਾਣੀਕਰਣ ਗੁਆ ਦਿੱਤਾ ਹੈ। ਇਸਨੂੰ ਦੇਸ਼ ਭਰ ਦੀਆਂ ਸਾਰੀਆਂ ਯੂਨੀਵਰਸਿਟੀਆਂ ਅਤੇ ਅਕਾਦਮਿਕ ਸੰਸਥਾਵਾਂ ਲਈ ਇੱਕ ਚੇਤਾਵਨੀ ਵਜੋਂ ਵੇਖਿਆ ਗਿਆ ਹੈ।

ਪਿਛਲੇ 16 ਅਪ੍ਰੈਲ, 2025 ਨੂੰ, ਸਕੱਤਰ ਨੋਇਮ ਨੇ ਹਾਰਵਰਡ ਤੋਂ ਮੰਗ ਕੀਤੀ ਕਿ ਉਹ ਆਪਣੇ ਕੈਂਪਸ ਵਿੱਚ ਵਿਦੇਸ਼ੀ ਵਿਦਿਆਰਥੀਆਂ ਦੇ ਅਪਰਾਧ ਅਤੇ ਦੁਰਵਿਵਹਾਰ ਬਾਰੇ ਜਾਣਕਾਰੀ ਪ੍ਰਦਾਨ ਕਰੇ। ਸੈਕਟਰੀ ਨੋਇਮ ਨੇ ਚੇਤਾਵਨੀ ਦਿੱਤੀ ਕਿ ਇਸ ਕਾਨੂੰਨੀ ਹੁਕਮ ਦੀ ਪਾਲਣਾ ਕਰਨ ਤੋਂ ਇਨਕਾਰ ਕਰਨ ਦੇ ਨਤੀਜੇ ਵਜੋਂ SEVP ਦੀ ਸਮਾਪਤੀ ਹੋਵੇਗੀ। ਇਹ ਕਾਰਵਾਈ DHS ਵੱਲੋਂ ਪਿਛਲੇ ਮਹੀਨੇ ਹਾਰਵਰਡ ਲਈ 2.7 ਮਿਲੀਅਨ ਦੀ DHS ਗ੍ਰਾਂਟ ਬੰਦ ਕਰਨ ਤੋਂ ਬਾਅਦ ਕੀਤੀ ਗਈ ਹੈ।

ਉਧਰੋਂ ਟਰੰਪ ਪ੍ਰਸ਼ਾਸਨ ਕਹਿੰਦਾ ਹੈ ਕਿ ਹਾਰਵਰਡ ਯੂਨੀਵਰਸਿਟੀ ਨੇ ਬੇਸ਼ਰਮੀ ਨਾਲ ਮੰਗੀ ਗਈ ਲੋੜੀਂਦੀ ਜਾਣਕਾਰੀ ਪ੍ਰਦਾਨ ਕਰਨ ਤੋਂ ਇਨਕਾਰ ਕਰ ਦਿੱਤਾ ਅਤੇ ਵਿਭਾਗ ਦੇ ਜਨਰਲ ਕੌਂਸਲ ਦਫ਼ਤਰ ਤੋਂ ਫਾਲੋ-ਅੱਪ ਬੇਨਤੀ ਨੂੰ ਨਜ਼ਰਅੰਦਾਜ਼ ਕਰ ਦਿੱਤਾ। ਸੈਕਟਰੀ ਨੋਇਮ ਵਿਦਿਆਰਥੀਆਂ ਦੀ ਰੱਖਿਆ ਕਰਨ ਅਤੇ ਅੱਤਵਾਦੀ ਹਮਦਰਦਾਂ ਨੂੰ ਅਮਰੀਕੀ ਸਰਕਾਰ ਤੋਂ ਲਾਭ ਪ੍ਰਾਪਤ ਕਰਨ ਤੋਂ ਰੋਕਣ ਦੇ ਆਪਣੇ ਵਾਅਦੇ 'ਤੇ ਪੂਰਾ ਉਤਰ ਰਹੀ ਹੈ। ਹੁਣ ਆਉਣ ਵਾਲਾ ਭਵਿੱਖ ਹੀ ਦੱਸਿਆ ਗਿਆ ਕਿ ਟਰੰਪ ਦੇ ਫ਼ੈਸਲੇ ਨਾਲ ਦੁਨੀਆਂ ਭਰ ਦੇ ਵਿਦਿਆਰਥੀਆਂ ਤੇ ਵਿਸ਼ੇਸ਼ਕਰ ਪੰਜਾਬੀ ਅਤੇ ਹਿੰਦੁਸਤਾਨੀ ਵਿਦਿਆਰਥੀਆਂ 'ਤੇ ਕੀ ਅਸਰ ਪੈਂਦਾ ਹੈ ਪਰੰਤੂ ਹਾਲ ਦੀ ਘੜੀ ਦੇ ਵਿੱਚ 2024/25 ਦੇ ਦਾਖਲ ਵਿਦਿਆਰਥੀਆਂ ਵਾਸਤੇ ਯੂਨੀਵਰਸਿਟੀ ਬਦਲਣ ਵਾਸਤੇ ਅਤੇ ਇਸ ਤੋਂ ਬਿਨਾਂ ਕੋਈ ਹੋਰ ਚਾਰਾ ਨਹੀਂ ਰਹਿ ਗਿਆ ਹੈ। ਇਹ ਭਾਰਤੀ ਵਿਦਿਆਰਥੀਆਂ ਵਾਸਤੇ ਇੱਕ ਖਤਰੇ ਦੀ ਵੱਡੀ ਗਿਣਤੀ ਹੈ।

# ਅਮੀਰਾਂ ਤੇ ਗਰੀਬਾਂ 'ਚ ਵਧਦੀ ਗ਼ੈਰ-ਬਰਾਬਰੀ

ਡਾ. ਦਵਿੰਦਰ ਕੌਰ ਧਾਲੀਵਾਲ
8847227740

ਆਕਸਫੈਮ ਨੇ 20 ਜਨਵਰੀ, 2025 ਨੂੰ ਸੰਸਾਰ ਭਰ ਵਿੱਚ ਅਮੀਰਾਂ ਤੇ ਗਰੀਬਾਂ 'ਚ ਵਧਦੀ ਗੈਰ-ਬਰਾਬਰੀ 'ਤੇ ਇੱਕ ਰਿਪੋਰਟ ਜਾਰੀ ਕੀਤੀ ਹੈ, ਜਿਸ ਵਿੱਚ ਇਹ ਤੱਥ ਸਾਹਮਣੇ ਆਏ ਹਨ ਕਿ 2024 'ਚ ਅਰਬਪਤੀਆਂ ਨੇ ਆਪਣੀ ਆਮਦਨ 'ਚ 2 ਖਰਬ ਅਮਰੀਕੀ ਡਾਲਰ ਦਾ ਵਾਧਾ ਕੀਤਾ ਹੈ, ਜਿਹੜਾ 2023 ਦੇ ਮੁਕਾਬਲੇ 3 ਗੁਣਾ ਵੱਧ ਹੈ।

ਆਕਸਫੈਮ ਇੱਕ ਮਸ਼ਹੂਰ ਗੈਰ ਸਰਕਾਰੀ ਸੰਸਥਾ ਹੈ, ਜਿਹੜੀ ਹਰ ਸਾਲ ਦੁਨੀਆਂ ਭਰ 'ਚ ਗਰੀਬੀ, ਭੁੱਖਮਰੀ ਆਦਿ 'ਤੇ ਜਾਣਕਾਰੀ ਇਕੱਠੀ ਕਰਕੇ ਰਿਪੋਰਟ ਜਾਰੀ ਕਰਦੀ ਹੈ। ਕਈ ਭੋਲ਼ੇ ਲੋਕ ਆਕਸਫੈਮ ਨੂੰ ਅਗਾਂਹਵਧੂ ਅਦਾਰਾ ਮੰਨ ਲੈਂਦੇ ਹਨ ਜਦਕਿ ਆਕਸਫੈਮ ਦਾ ਕਾਰਜ ਲੋਕਾਂ ਦੀਆਂ ਹਾਲਤਾਂ ਵਿੱਚ ਬੁਨਿਆਦੀ ਤਬਦੀਲੀ ਲਿਆਉਣਾ ਨਹੀਂ ਸਗੋਂ ਵੱਖੋ-ਵੱਖਰੇ ਅੰਕੜੇ ਜਾਰੀ ਕਰਕੇ ਹਾਕਮ ਜਮਾਤਾਂ ਨੂੰ ਚੇਤਾਵਨੀ ਦੇਣਾ ਤੇ ਨੁਸਖੇ ਸੁਝਾਉਣਾ ਹੈ ਕਿ ਕਿਵੇਂ ਇਸ ਪ੍ਰਬੰਧ ਦੀ ਉਮਰ ਵਧੇਰੇ ਤੋਂ ਵਧੇਰੇ ਲੰਬੀ ਕੀਤੀ ਜਾਵੇ। 2016 ਵਿੱਚ ਆਕਸਫੈਮ ਨੇ ਰਿਪੋਰਟ ਦਿੱਤੀ ਕਿ 62 ਲੋਕਾਂ ਕੋਲ਼ ਦੁਨੀਆਂ ਦੇ ਸਭ ਤੋਂ ਗਰੀਬ 3.5 ਅਰਬ ਲੋਕਾਂ ਦੇ ਬਰਾਬਰ ਜਾਇਦਾਦ ਹੈ। 2020 ਵਿੱਚ ਉਹਨਾਂ ਨੇ ਰਿਪੋਰਟ ਦਿੱਤੀ ਕਿ ਕੋਵਿਡ ਮਹਾਂਮਾਰੀ ਦੌਰਾਨ ਸਭ ਤੋਂ ਅਮੀਰ 10 ਲੋਕਾਂ ਨੇ ਆਪਣੀ ਜਾਇਦਾਦ ਦੁੱਗਣੀ ਕਰ ਲਈ ਜਦੋਂ ਕਿ 16 ਕਰੋੜ ਲੋਕ ਗਰੀਬੀ ਵਿੱਚ ਧੱਕੇ ਗਏ। ਅਖੌਤੀ ਮਹਾਂਮਾਰੀ ਦੀ ਸ਼ੁਰੂਆਤ ਤੋਂ ਹਰ 26 ਘੰਟਿਆਂ ਵਿੱਚ ਇੱਕ ਨਵਾਂ ਅਰਬਪਤੀ ਬਣਿਆ ਹੈ। 2020 ਤੋਂ 2023 ਤੱਕ ਦੁਨੀਆਂ ਦੇ ਸਭ ਤੋਂ ਅਮੀਰ 1 ਫੀਸਦੀ ਨੇ ਸਾਰੀ ਨਵੀਂ ਦੌਲਤ ਦਾ ਦੋ ਤਿਹਾਈ ਹਿੱਸਾ ਆਪਣੇ ਕਬਜ਼ੇ ਵਿੱਚ ਕਰ ਲਿਆ ਅਤੇ ਇਸ ਨਾਲ਼ ਦੂਜੀ ਸੰਸਾਰ ਜੰਗ ਤੋਂ ਬਾਅਦ ਸੰਸਾਰ ਵਿਆਪੀ ਗਰੀਬੀ ਵਿੱਚ ਸਭ ਤੋਂ ਵੱਡਾ ਵਾਧਾ ਹੋਇਆ। 2024 ਵਿੱਚ ਆਕਸਫੈਮ ਨੇ ਅੰਦਾਜ਼ਾ ਲਾਇਆ ਸੀ ਕਿ ਇੱਕ ਦਹਾਕੇ ਤੱਕ ਧਰਤੀ ਦਾ ਪਹਿਲਾ ਖਰਬਪਤੀ ਹੋਵੇਗਾ ਅਤੇ ਇਸ ਵਾਰ ਦੀ ਰਿਪੋਰਟ 'ਚ ਕਿਹਾ ਹੈ ਕਿ 2035 ਤੱਕ 5 ਵਿਅਕਤੀਆਂ ਦੀ ਖਰਬਪਤੀ ਬਣਨ ਦੀ ਸੰਭਾਵਨਾ ਹੈ। ਸਾਲ 2024 ਵਿੱਚ ਦੁਨੀਆਂ ਦੇ 10 ਸਭ ਤੋਂ ਅਮੀਰ ਆਦਮੀਆਂ ਨੇ ਪ੍ਰਤੀ ਦਿਨ ਲੱਗਭੱਗ 10 ਕਰੋੜ ਡਾਲਰ ਕਮਾਏ ਹਨ। ਅਜਿਹੇ ਅੰਕੜੇ ਇਸ ਗੱਲ ਦੀ ਪੁਸ਼ਟੀ ਕਰਦੇ ਹਨ ਕਿ ਗੈਰ-ਬਰਾਬਰੀ ਨੂੰ ਸਰਮਾਏਦਾਰੀ ਪ੍ਰਬੰਧ 'ਚ ਖਤਮ ਨਹੀਂ ਕੀਤਾ ਜਾ ਸਕਦਾ ਸਗੋਂ ਇਸ ਵਿੱਚ ਦਿਨ ਦੁੱਗਣਾ ਰਾਤ ਚੌਗੁਣਾ ਵਾਧਾ ਹੋ ਰਿਹਾ ਹੈ।

### ਕੀ ਇਹ ਦੌਲਤ ਇਹਨਾਂ ਦੀ ਖ਼ੂਨ ਪਸੀਨੇ ਦੀ ਕਮਾਈ ਹੈ?

ਆਕਸਫੈਮ ਨੇ ਆਪਣੀ ਰਿਪੋਰਟ ਵਿੱਚ ਦੱਸਿਆ ਹੈ ਕਿ ਅਰਬਪਤੀਆਂ ਦੀ ਦੌਲਤ ਦਾ 60 ਫੀਸਦੀ ਵਿਰਾਸਤ, ਅਜ਼ਾਰੇਦਾਰੀ ਤਾਕਤ ਜਾਂ ਦੋਸਤੀ ਸਬੰਧਾਂ ਤੋਂ ਆਉਂਦਾ ਹੈ। ਅਰਬਪਤੀਆਂ ਦੀ 36 ਫੀਸਦੀ ਦੌਲਤ ਉਹਨਾਂ ਨੂੰ ਵਿਰਾਸਤ ਵਿੱਚ ਮਿਲ਼ੀ ਹੋਈ ਹੈ। ਫੋਰਬਸ ਆਪਣੀ ਖੋਜ ਵਿੱਚ ਦੱਸਦਾ ਹੈ ਕਿ 30 ਸਾਲ ਤੋਂ ਘੱਟ ਉਮਰ ਦੇ ਹਰ ਅਰਬਪਤੀ ਨੂੰ ਆਪਣੀ ਦੌਲਤ ਵਿਰਾਸਤ ਵਿੱਚ ਮਿਲ਼ੀ ਹੋਈ ਹੈ। ਅੱਜ ਦੇ 1000 ਤੋਂ ਵੱਧ ਅਰਬਪਤੀ ਅਗਲੇ 2 ਤੋਂ 3 ਦਹਾਕਿਆਂ ਤੱਕ ਆਪਣੇ ਵਾਰਸਾਂ ਨੂੰ 5.2 ਖਰਬ ਡਾਲਰ ਤੋਂ ਵੱਧ ਦੇ ਕੇ ਜਾਣਗੇ।

ਇਸ ਤੋਂ ਇਲਾਵਾ ਅੰਕੜੇ ਇਹ ਵੀ ਦੱਸਦੇ ਹਨ ਕਿ 2023 ਵਿੱਚ ਸਾਮਰਾਜੀ ਦੇਸ਼ਾਂ ਦੇ ਉੱਪਰਲੇ 1 ਫੀਸਦੀ ਲੋਕਾਂ ਨੇ ਤੀਜੀ ਦੁਨੀਆਂ ਦੇ ਦੇਸ਼ਾਂ ਤੋਂ 3 ਕਰੋੜ ਡਾਲਰ ਪ੍ਰਤੀ ਘੰਟੇ ਕਮਾਏ ਹਨ। 1970 ਤੋਂ 2023 ਦੇ ਵਿਚਕਾਰ, ਤੀਜੀ ਦੁਨੀਆਂ ਦੇ ਦੇਸ਼ਾਂ ਦੀਆਂ ਸਰਕਾਰਾਂ ਨੇ ਸਾਮਰਾਜੀ ਦੇਸ਼ਾਂ ਨੂੰ 303 ਖਰਬ ਡਾਲਰ ਸਿਰਫ ਵਿਆਜ ਵਜੋਂ ਦਿੱਤਾ ਹੈ। ਤੀਜੀ ਦੁਨੀਆਂ ਦੇ ਦੇਸ਼ਾਂ ਦੇ ਲੋਕ ਦੂਹਰੀ ਲੁੱਟ ਦਾ ਸ਼ਿਕਾਰ ਹੁੰਦੇ ਹਨ। ਕੋਈ ਵੀ ਸਰਮਾਏਦਾਰ ਫੈਕਟਰੀ 'ਚ 24 ਘੰਟੇ ਹੱਡ-ਤੋੜ ਮਿਹਨਤ ਕਰਕੇ ਅਮੀਰ ਨਹੀਂ ਬਣਦਾ ਸਗੋਂ ਮਜ਼ਦੂਰਾਂ ਦੇ ਵੱਧ ਤੋਂ ਵੱਧ ਖ਼ੂਨ ਪਸੀਨੇ ਤੋਂ ਵਾਫਰ ਕਦਰ ਲੁੱਟ ਕੇ ਅਮੀਰ ਬਣਦਾ ਹੈ।

ਆਮ ਲੋਕਾਂ ਦੀ ਹਾਲਤ, ਦੁਨੀਆਂ ਭਰ 'ਚ 1990 ਤੋਂ ਹੁਣ ਤੱਕ ਪ੍ਰਤੀ ਦਿਨ 6.85 ਡਾਲਰ ਤੋਂ ਘੱਟ ਗੁਜ਼ਾਰਾ ਕਰਨ ਵਾਲ਼ੇ ਲੋਕਾਂ ਦੀ ਗਿਣਤੀ 'ਚ ਕੋਈ ਖਾਸ ਬਦਲਾਅ ਦੇਖਣ ਨੂੰ ਨਹੀਂ ਮਿਲ਼ਿਆ, ਜਿਹੜੇ ਅੱਜ ਵੀ ਸੰਸਾਰ ਦੀ ਕੁੱਲ ਅਬਾਦੀ ਦਾ 44 ਫੀਸਦੀ ਲੱਗਭੱਗ 3.5 ਅਰਬ ਬਣਦੇ ਹਨ। ਸੰਸਾਰ ਦੇ 8.5 ਫੀਸਦੀ ਲੋਕ ਜਿਹੜੇ ਲੱਗਭੱਗ 70 ਕਰੋੜ ਬਣਦੇ ਹਨ, ਹਰ ਦਿਨ 2.15 ਡਾਲਰ ਤੋਂ ਵੀ ਘੱਟ 'ਚ ਗੁਜ਼ਾਰਾ ਕਰਦੇ ਹਨ। ਸਰਮਾਏਦਾਰੀ ਪ੍ਰਬੰਧ 'ਚ ਗੈਰ-ਬਰਾਬਰੀ ਨੂੰ ਖਤਮ ਨਹੀਂ ਕੀਤਾ ਜਾ ਸਕਦਾ। ਮੱਧਵਰਗ ਤੇ ਛੋਟੇ ਮਾਲਕਾਂ ਦਾ ਮਜ਼ਦੂਰਾਂ 'ਚ ਤਬਦੀਲ ਹੋਣਾ ਅਤੇ ਪੈਸੇ ਦਾ ਕੁਝ ਲੋਕਾਂ ਦੇ ਹੱਥਾਂ 'ਚ ਕੇਂਦਰਤ ਹੋਣਾ ਸਰਮਾਏਦਾਰੀ ਦਾ ਲਾਜ਼ਮੀ ਲੱਛਣ ਹੈ। ਧਰੁਵੀਕਰਨ ਦੀ ਇਹ ਪ੍ਰਕਿਰਿਆ ਜਿੱਥੇ ਭਿਅੰਕਰ ਗੈਰ ਬਰਾਬਰੀ ਨੂੰ ਜਨਮ ਦਿੰਦੀ ਹੈ, ਉੱਥੇ ਦੂਜੇ ਹੱਥ ਇਹ ਅਬਾਦੀ ਨੂੰ ਵਧੇਰੇ ਤੋਂ ਵਧੇਰੇ ਦੋ ਧਰੁਵਾਂ ਵਿੱਚ ਵੰਡ ਕੇ, ਕਿਰਤੀ ਲੋਕਾਈ ਨੂੰ ਆਪਣਾ ਅਸਲ ਦੁਸ਼ਮਣ (ਸਰਮਾਏਦਾਰ) ਪਛਾਣਨ ਵਿੱਚ ਵੀ ਮਦਦ ਕਰਦੀ ਹੈ।

ਇਸ ਗੈਰ ਬਰਾਬਰੀ ਨੂੰ ਖਤਮ ਕਰਨ ਲਈ ਇਸ ਲੋਟੂ ਪ੍ਰਬੰਧ ਦਾ ਹੀ ਭੋਗ ਪਾਕੇ ਸਮਾਜਵਾਦੀ ਪ੍ਰਬੰਧੀ ਸਿਰਜਣ ਦੀ ਲੋੜ ਹੈ। ਇਹਦੇ ਲਈ ਲਾਜ਼ਮੀ ਹੀ ਕਿਰਤੀ ਲੋਕਾਂ ਨੂੰ ਆਪਣੀ ਜਥੇਬੰਦ ਤਾਕਤ ਉੱਤੇ ਟੇਕ ਰੱਖਣੀ ਪਵੇਗੀ।

ਇਹ ਅੰਕੜੇ ਪ੍ਰਤੱਖ ਪ੍ਰਮਾਣ ਹਨ ਕਿ ਕਿਵੇਂ ਭਾਰਤ ਵਿੱਚ ਪੈਦਾ ਹੋ ਰਹੀ ਕੁੱਲ ਦੌਲਤ ਦਾ ਵੱਡਾ ਹਿੱਸਾ ਛੋਟਾ ਜਿਹਾ ਉੱਪਰਲਾ ਤਬਕਾ ਛੱਕ ਜਾਂਦੈ ਤੇ ਆਮ ਲੋਕਾਂ ਹਿੱਸੇ ਚੂਰ-ਭੂਰ ਹੀ ਪੈਂਦੀ ਹੈ। ਇਹ ਕਿਸੇ ਇੱਕ ਪਾਰਟੀ ਦੀ ਸਰਕਾਰ ਦੀ ਗੱਲ ਨਹੀਂ ਸਗੋਂ ਸਵਾਲ ਪੂਰੇ ਢਾਂਚੇ ਉੱਤੇ ਹੈ, ਸਰਮਾਏਦਾਰਾ ਪ੍ਰਬੰਧ ਉੱਤੇ ਹੈ। ਭਾਵੇਂ ਅੱਜ ਦੀ ਮੋਦੀ ਸਰਕਾਰ ਹੋਵੇ ਭਾਵੇਂ ਪਿਛਲੀ ਮਨਮੋਹਨ ਸਰਕਾਰ ਤੇ ਭਾਵੇਂ ਉਦੂੰ ਪਿਛਲੀਆਂ ਸਰਕਾਰਾਂ, ਕੁੱਲ ਜਮ੍ਹਾਂ-ਜੋੜ ਇਹ ਹੈ ਕਿ ਸੱਤ ਦਹਾਕਿਆਂ ਦਾ ਸਰਮਾਏਦਾਰਾ ਵਿਕਾਸ ਆਮ ਲੋਕਾਂ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਨਹੀਂ ਕਰ ਸਕਿਆ ਤੇ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਇਆ ਹੈ।

ਭਾਰਤ ਵਿੱਚ ਦੌਲਤ ਦੀ ਵੰਡ

0.1% ਆਬਾਦੀ (ਸਭ ਤੋਂ ਅਮੀਰ)

- 1961 ਵਿੱਚ: ਇਨ੍ਹਾਂ ਕੋਲ਼ 3.2% ਦੌਲਤ ਸੀ।
- 2023 ਵਿੱਚ: ਹੁਣ ਇਨ੍ਹਾਂ ਦਾ ਹਿੱਸਾ 29% ਹੈ।

ਉਪਰਲੀ 1% ਆਬਾਦੀ

- ਜੇਕਰ 0.1% ਨੂੰ ਹਟਾ ਦੇਈਏ, ਤਾਂ ਬਾਕੀ 0.9% ਕੋਲ਼ 10.5% ਦੌਲਤ ਬਚਦੀ ਹੈ।
- ਕੁੱਲ ਮਿਲਾ ਕੇ, ਸਿਖ਼ਰਲੇ 1% ਕੋਲ਼ 39.5% ਜਾਇਦਾਦ ਹੈ (2023 ਵਿੱਚ)।
- 1961 ਵਿੱਚ: ਇਨ੍ਹਾਂ ਕੋਲ਼ 12.9% ਹਿੱਸਾ ਸੀ।

ਉੱਪਰਲੀ 10% ਆਬਾਦੀ

- 2023 ਵਿੱਚ: ਸਿਖਰਲੀ 10% ਆਬਾਦੀ ਕੋਲ਼ 64.5% ਦੌਲਤ ਸੀ।
- ਜੇਕਰ ਸਿਖਰਲੇ 1% ਨੂੰ ਹਟਾ ਦੇਈਏ, ਤਾਂ ਬਾਕੀ 9% ਕੋਲ 25% ਜਾਇਦਾਦ ਹੈ।
- 1961 ਵਿੱਚ: ਸਿਖਰਲੇ 10% ਦਾ ਹਿੱਸਾ 44.9% ਸੀ।

ਮੱਧ ਵਰਗ (ਅਗਲੇ 40%)

- 1961 ਵਿੱਚ: 43.7% ਦੌਲਤ ਸੀ।
- 2023 ਵਿੱਚ: ਹੁਣ ਸਿਰਫ 29% ਹਿੱਸਾ ਹੈ।

ਹੇਠਲੇ 50% (ਆਬਾਦੀ ਦਾ ਅੱਧਾ ਹਿੱਸਾ) - 1961 ਵਿੱਚ: ਇਨ੍ਹਾਂ ਕੋਲ਼ 11.4% ਦੌਲਤ ਸੀ। - 2023 ਵਿੱਚ: ਹੁਣ ਇਹਨਾਂ ਦਾ ਹਿੱਸਾ ਸਿਰਫ 6.5% ਹੈ।

ਰੋਜ਼ਾਨਾ
# ਚੜ੍ਹਦੀਕਲਾ
ਸਪਤਾਹਿਕ ਮੈਗਜ਼ੀਨ
Punjabi Daily Newspaper Charhdikala
ਐਤਵਾਰ, 25 ਮਈ, 2025
Sunday, 25 May, 2025





# ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੇ ਕਾਰਨ

ਡਾ. ਸਰਬਜਿੰਦਰ ਸਿੰਘ

ਗੁਰੂ ਨਾਨਕ ਪਾਤਸ਼ਾਹ ਨੇ ਹਿੰਦੁਸਤਾਨ ਦੀ ਧਰਤੀ 'ਤੇ ੧ਓ ਦਾ ਦੈਵੀ ਨਾਦ ਗੁੰਜਾ ਕੇ ਇੱਥੋਂ ਦੀ ਦੱਬੀ-ਕੁਚਲੀ ਲੋਕਾਈ ਨੂੰ ਇਹ ਅਹਿਸਾਸ ਕਰਾਇਆ ਕਿ ਕੁੱਲ ਕਾਇਨਾਤ ਉਸ ਅਕਾਲ ਪੁਰਖ ਦੀ ਸੰਤਾਨ ਹੈ। ਭਾਰਤੀ ਭੂ-ਮੰਡਲ ਤੇ ਅਕਾਲ ਪੁਰਖ ਇਕ ਅਤੇ ਉਸ ਦੀ ਸਿਰਜੀ ਕਿਰਤ ਵੀ ਇਕ ਦਾ, ਅਜਿਹਾ ਨਵਾਂ ਤੇ ਨਿਵੇਕਲਾ ਪਾਠ ਪੜ੍ਹਾਇਆ ਕਿ ਹਿੰਦੁਸਤਾਨ ਦੀ ਲੋਕਾਈ ਦੀਆਂ ਨਾੜਾਂ ਵਿਚ ਸਦੀਆਂ ਤੋਂ ਯਖ਼ ਹੋਏ ਖ਼ੂਨ ਨੇ ਰੁਮਕਣਾ ਸ਼ੁਰੂ ਕਰ ਦਿੱਤਾ। ਹੁਣ ਗੁਰੂ ਨਾਨਕ ਉਨ੍ਹਾਂ ਦੀ ਮੁਕਤੀ ਦਾ ਰਹਿਬਰ ਸੀ ਅਤੇ ਉਹ ਉਸ ਦੇ 'ਬੰਦੇ'। ਦੂਰ-ਦਰਾਜ ਤੋਂ ਸੈਂਕੜਿਆਂ ਦੀ ਗਿਣਤੀ ਵਿਚ ਲੋਕ ਗੁਰੂ ਸਾਹਿਬ ਦੇ ਦੈਵੀ ਝੰਡੇ ਥੱਲੇ ਇਕੱਤਰ ਹੋਣ ਲੱਗੇ। ਗੁਰੂ ਨਾਨਕ ਪਾਤਸ਼ਾਹ ਨੇ ਸ਼ੋਸ਼ਨਕਾਰੀਆਂ ਦੀ ਧੱਕੇਸ਼ਾਹੀ ਵਿਰੁੱਧ ਪਾਠ ਪੜ੍ਹਾਉਣ ਲਈ ਪੂਰੀ ਦੁਨੀਆਂ ਦਾ ਭਰਮਣ ਕੀਤਾ। ਬਰਾਬਰੀ, ਮਨੁੱਖੀ ਸਨਮਾਨ, ਸੁਤੰਤਰਤਾ ਅਤੇ ਭਾਈਚਾਰੇ ਦੇ ਅਜਿਹੇ ਪੂਰਨੇ ਪਾਏ ਕਿ ਉਹ ਦਮਨਕਾਰੀਆਂ ਵਿਰੁੱਧ ਗੁਰਮਤਿ ਦੇ ਝੰਡੇ ਹੇਠ ਲਾਮਬੰਦ ਹੋਣ ਲੱਗੇ। ਭੂਤ, ਭਵਿੱਖ ਦੇ ਚੱਕਰ ਵਿਚੋਂ ਨਿਕਲ ਕੇ ਵਰਤਮਾਨ ਦੀ ਸਥਾਪਨਾ ਉਨ੍ਹਾਂ ਦੀ ਮਾਨਸਿਕਤਾ ਦਾ ਹਿੱਸਾ ਬਣ ਗਈ। ਗੁਰੂ ਨਾਨਕ ਪਾਤਸ਼ਾਹ ਦੇ ਸਿਧਾਂਤ ਮਨੁੱਖਾਂ ਦੇ ਮਾੜੇ ਭਾਗਾਂ ਤੇ ਬਾਰਸ਼ੇ ਰਹਿਮਤ ਸਿੱਧ ਹੋਏ। ਗੁਲਾਮ ਜ਼ਹਿਨੀਅਤ ਦੇ ਕਾਲੇ ਬੱਦਲ ਛੰਡਣ ਲੱਗੇ ਅਤੇ ਇਨ੍ਹਾਂ ਵਿਚੋਂ ਨਵੇਂ-ਨਵੇਲੇ ਸੂਰਜ ਦੇ ਲਿਸ਼ਕਾਰੇ ਦੱਬੀ-ਕੁਚਲੀ ਲੋਕਾਈ ਲਈ ਨਵਾਂ ਸੁਨੇਹਾ ਲੈ ਕੇ ਆਉਣ ਲੱਗੇ। ਇਨ੍ਹਾਂ ਪੂਰਨਿਆਂ ਨੂੰ ਬਾਕੀ ਗੁਰੂ ਸਾਹਿਬਾਨ ਨੇ ਅਮਲ ਵਿਚ ਤਬਦੀਲ ਕਰਦਿਆਂ ਸਿਰਲੱਥ ਸੂਰਮਿਆਂ ਦੀ ਇਕ ਅਜਿਹੀ ਕੌਮੀਅਤ ਤਿਆਰ ਕਰ ਦਿੱਤੀ ਜੋ 'ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ' ਦੇ ਸੰਕਲਪ ਨਾਲ ਸਰਸ਼ਾਰ ਹੋਈ ਪਈ ਸੀ। ਗੁਰੂ ਨਾਨਕ ਪਾਤਸ਼ਾਹ ਦੇ ਘਰ ਨਾ ਹਿੰਦੂ- ਮੁਸਲਮਾਨ ਦਾ ਫਰਕ ਸੀ, ਨਾ ਹੀ ਉਚ ਨੀਚ ਅਤੇ ਔਰਤ-ਮਰਦ ਦਾ। ਗੁਰੂ ਨਾਨਕ ਸਾਹਿਬ ਦਾ ਸੰਗੀ-ਸਾਥੀ ਭਾਈ ਮਰਦਾਨਾ, ਜੋ ਗੁਰੂ ਸਾਹਿਬ ਨਾਲ ਅੰਤਮ ਸੁਆਸ ਤਕ ਨਿਭਿਆ, ਮੁਸਲਮਾਨ ਸੀ ਅਤੇ ਭਾਈ ਲਾਲੋ ਤਰਖਾਣ ਜਾਤ ਦਾ ਸੀ।

ਗੁਰੂ ਨਾਨਕ ਪਾਤਸ਼ਾਹ ਨੇ ਜੋਤੀ ਜੋਤ ਸਮਾਉਣ ਤੋਂ ਪਹਿਲਾਂ ਆਪਣੇ ਅਨਿੰਨ ਸਿੱਖ ਭਾਈ ਲਹਿਣੇ ਨੂੰ ਗੁਰੂ ਅੰਗਦ ਵਜੋਂ ਗੁਰ ਗੱਦੀ ਤੇ ਸੁਸ਼ੋਭਿਤ ਕਰ ਇਕ ਨਿਵੇਕਲਾ ਪ ਸੰ ਗ ਸਥਾਪਿਤ ਕਰ ਇਹ ਵੀ ਅਹਿਸਾਸ ਕਰਵਾ ਦਿੱਤਾ ਸੀ ਕਿ ਨਾਨਕ ਘਰ ਵਿਚ ਯੋਗਤਾ ਆਧਾਰ ਹੈ ਜਨਮ ਨਹੀਂ। ਗੁਰੂ ਅੰਗਦ ਪਾਤਸ਼ਾਹ ਨੇ ਗੁਰਗੱਦੀ 'ਤੇ ਬੈਠਦੇ ਹੀ, ਗੁਰੂ ਨਾਨਕ ਪਾਤਸ਼ਾਹ ਵੱਲੋਂ ਦਿੱਤੇ ਸਿਧਾਂਤਾਂ ਨੂੰ ਅਮਲ ਵਿਚ ਢਾਲਣ ਦਾ ਕਾਰਜ ਜਾਰੀ ਰੱਖਿਆ ਅਤੇ ਸਭ ਤੋਂ ਪਹਿਲਾਂ ਆਪਣੀ ਪਤਨੀ ਮਾਤਾ ਖੀਵੀ ਜੀ ਨੂੰ ਲੰਗਰ ਦੀ ਮੁਖੀਆ ਸਥਾਪਿਤ ਕਰ ਔਰਤ ਦੇ ਸਨਮਾਨ ਨੂੰ ਸਿਖਰ ਉਤੇ ਪਹੁੰਚਾ ਦਿੱਤਾ ਸੀ। ਔਰਤ ਦੇ ਇਸ ਸਥਾਨ ਦੀ ਉਸ ਵੇਲੇ ਦੇ ਸਮਿਆਂ ਵਿਚ ਕਿਆਸ ਕਰਨਾ ਵੀ ਮੁਸ਼ਕਲ ਸੀ। ਗੁਰਮੁਖੀ ਲਿੱਪੀ ਵਿਚ ਸੁਧਾਰ ਕਰ ਸਿੱਖਾਂ ਦੀ ਆਪਣੀ ਲਿੱਪੀ ਸਥਾਪਿਤ ਕਰ ਦਿੱਤੀ ਅਤੇ ਹੁਮਾਯੂ ਦੇ ਹਉਮੈਂ ਨੂੰ ਤੋੜ ਕੇ ਇਹ ਸਥਾਪਿਤ ਕਰ ਦਿੱਤਾ ਕਿ ਗੁਰੂ ਘਰ ਵਿਚ ਅਕਾਲ ਪੁਰਖ ਦੇ ਭੈਅ ਨੂੰ ਨਮੋ ਹੈ ਪਰ ਤਖ਼ਤ ਦੇ ਭੈਅ ਨੂੰ ਕਬੂਲ ਕਰਨ ਦਾ ਕੋਈ ਸਥਾਨ ਹੀ ਨਹੀਂ ਹੈ। ਅਮਰਦਾਸ ਨਾਨਕ ਘਰ ਦੀ ਨਿਰਖਾਂ-ਪਰਖਾਂ ਵਿਚ ਪਾਸ ਹੋਏ ਅਤੇ ਤੀਸਰੇ ਗੁਰੂ ਪਾਤਸ਼ਾਹ ਵਜੋਂ ਗੁਰਗੱਦੀ 'ਤੇ ਸੁਸ਼ੋਭਿਤ ਹੋਏ। ਗੁਰਗੱਦੀ 'ਤੇ ਬੈਠਦੇ ਹੀ ਉਨ੍ਹਾਂ ਨੇ ਮਹਿਸੂਸ ਕਰ ਲਿਆ ਸੀ ਕਿ ਆਉਣ ਵਾਲਾ ਸਮਾਂ ਵੰਗਾਰਾਂ ਭਰਿਆ ਹੋਇਆ ਹੈ। ਇਨ੍ਹਾਂ ਵੰਗਾਰਾਂ ਦਾ ਟਾਕਰਾ ਕਰਨ ਲਈ ਭਾਰਤੀ ਮਾਨਸਿਕਤਾ ਦੇ ਅੰਦਰ ਪਏ ਡਰ ਨੂੰ ਦੂਰ ਕਰ ਸੂਰਬੀਰ ਮਾਨਸਿਕਤਾ ਨੂੰ ਉਜਾਗਰ ਕਰਨਾ ਹੈ। ਇਸ ਵਾਸਤੇ ਸਭ ਤੋਂ ਪਹਿਲਾਂ ਉਨ੍ਹਾਂ ਨੇ ਸਿੱਖ ਧਰਮ ਦੇ ਪ੍ਰਚਾਰ ਹਿਤ ਬਾਈ ਮੰਜੀਆਂ ਦੀ ਸਥਾਪਤੀ ਕਰ ਦਿੱਤੀ ਤਾਂ ਕਿ 'ਪਤ ਸੇਤੀ' ਜ਼ਿੰਦਗੀ ਜਿਉਣ ਵਾਲਿਆਂ ਨੂੰ ਤਿਆਰ ਕੀਤਾ ਜਾਵੇ। ਦੂਸਰਾ ਮੰਜੀਆਂ ਦੀ ਗਿਣਤੀ ਮੁਗਲੀਆ ਹਕੂਮਤ ਦੇ ਬਾਈ ਸੂਬਿਆਂ ਦੀ ਗਿਣਤੀ ਦੇ ਬਰਾਬਰ ਰੱਖ ਕੇ ਡਰੀ ਹੋਈ ਲੋਕਾਈ ਨੂੰ ਅਹਿਸਾਸ ਕਰਾਇਆ ਕਿ ਇਨ੍ਹਾਂ ਸੂਬਿਆਂ ਦਾ ਭੈਅ ਮਨ ਵਿਚੋਂ ਕੱਢ ਦਿੱਤਾ ਜਾਵੇ। ਇਨ੍ਹਾਂ ਮੰਜੀਆਂ ਨੂੰ ਉਨ੍ਹਾਂ ਨੇ ਸੂਬਿਆਂ ਦਾ ਨਾਂ ਵੀ ਦਿੱਤਾ। ਇਨ੍ਹਾਂ ਮੰਜੀਆਂ ਉਪਰੰਤ ਬਵੰਜਾ ਪੀੜ੍ਹਿਆਂ ਦੀ ਸਥਾਪਤੀ ਕੀਤੀ ਇਹ ਗਿਣਤੀ ਵੀ ਅਚੰਭੇ ਵਾਲੀ ਸੀ ਕਿਉਂਕਿ ਅਕਬਰ ਦੇ ਸੁਰੱਖਿਆ ਅਮਲੇ ਦੀ ਗਿਣਤੀ ਵੀ ਬਵੰਜਾ ਹੀ ਸੀ। ਇਸ ਤੋਂ ਉਪਰੰਤ ਗੁਰੂ ਪਾਤਸ਼ਾਹ ਦੇ ਦੀਦਾਰ ਕਰਨ ਤੋਂ ਪਹਿਲਾਂ ਲੰਗਰ ਛਕਣਾ ਲਾਜ਼ਮੀ ਕਰਾਰ ਦੇ ਕੇ ਮਨੁੱਖੀ ਹਕੂਕ ਦੀ ਬਰਾਬਰੀ ਦਾ ਨਵਾਂ ਥੰਮ੍ਹ ਖੜ੍ਹਾ ਕਰ ਦਿੱਤਾ ਸੀ। ਇਤਿਹਾਸ ਗਵਾਹ ਹੈ ਕਿ ਅਕਬਰ ਵੀ ਗੁਰ ਪਾਤਸ਼ਾਹ ਦੇ ਦਰਸ਼ਨ ਸੰਗਤ ਵਿਚ ਲੰਗਰ ਛਕਣ ਉਪਰੰਤ ਹੀ ਕਰ ਸਕਿਆ ਸੀ, ਤੀਜੇ ਪਾਤਸ਼ਾਹ ਤੋਂ ਬਾਅਦ ਚੌਥੇ ਨਾਨਕ ਵਜੋਂ ਗੁਰੂ ਰਾਮਦਾਸ ਜੀ ਗੁਰਗੱਦੀ 'ਤੇ ਸੁਸ਼ੋਭਿਤ ਹੋਏ। ਉਨ੍ਹਾਂ ਦੁਆਰਾ ਅੰਮ੍ਰਿਤਸਰ ਅਤੇ ਸੰਤੋਖਸਰ ਸਰੋਵਰਾਂ ਦੀ ਉਸਾਰੀ ਕਰ ਕਿਸੇ ਵੱਡੇ ਕੇਂਦਰੀ ਅਸਥਾਨ ਵਲ ਇਸ਼ਾਰਾ ਕਰ ਦਿੱਤਾ ਸੀ ਜਿਸ ਨੇ ਆਉਣ ਵਾਲੇ ਸਮੇਂ ਵਿਚ ਸਿੱਖਾਂ ਦੇ ਮੱਕੇ ਵਜੋਂ ਸਥਾਨ ਗ੍ਰਹਿਣ ਕਰਨਾ ਸੀ। ਸਿੱਖ ਧਰਮ ਦਾ ਇਹ ਪ੍ਰਚਾਰ ਅਤੇ ਪਸਾਰ ਹਕੂਮਤ ਅਤੇ ਹੋਰ ਵਿਰੋਧੀਆਂ ਦੇ ਅੰਦਰ ਡਰ ਦੀ ਭਾਵਨਾ ਪੈਦਾ ਕਰ ਰਿਹਾ ਸੀ। ਇਹ ਡਰ ਉਨ੍ਹਾਂ ਨੂੰ ਸਿੱਖ ਧਰਮ ਵਿਰੁੱਧ ਲਾਮਬੰਦ ਕਰ ਰਿਹਾ ਸੀ ਅਤੇ ਇਸੇ ਲਾਮਬੰਦੀ ਵਿਚੋਂ ਹੀ ਪੰਜਵੇਂ ਪਾਤਸ਼ਾਹ ਦੀ ਸ਼ਹਾਦਤ ਸਾਹਮਣੇ ਆਈ। ਸ੍ਰੀ ਗੁਰੂ ਰਾਮਦਾਸ ਜੀ ਦੀਆਂ ਨਿਰਖਾਂ-ਪਰਖਾਂ ਵਿਚ ਅਰਜਨ ਦੇਵ ਪੂਰੇ ਉਤਰੇ। ਇਸ ਲਈ ਚੌਥੇ ਪਾਤਸ਼ਾਹ ਨੇ ਪਰੰਪਰਕ ਢੰਗ ਨਾਲ ਉਨ੍ਹਾਂ ਨੂੰ ਪੰਜਵੇਂ ਨਾਨਕ ਵਜੋਂ ਸਥਾਪਿਤ ਕਰ ਦਿੱਤਾ। ਗੁਰੂ ਅਰਜਨ ਦੇਵ ਜੀ ਨੇ ਗੁਰ ਗੱਦੀ 'ਤੇ ਬੈਠਦੇ ਹੀ ਸਿੱਖ ਧਰਮ ਦੇ ਪ੍ਰਚਾਰ ਪਸਾਰ ਨੂੰ ਨਾਨਕ ਸਿਧਾਂਤ ਅਨੁਸਾਰ ਅੱਗੇ ਚਲਾਇਆ। ਉਨ੍ਹਾਂ ਨੇ ਸਭ ਤੋਂ ਪਹਿਲਾਂ 1589 ਈ. ਨੂੰ ਗੁਰੂ ਪਿਤਾ ਰਾਮਦਾਸ ਜੀ ਵੱਲੋਂ ਤਿਆਰ ਕੀਤੇ ਅੰਮ੍ਰਿਤ-ਸਰੋਵਰ ਦੇ ਐਨ ਵਿਚਕਾਰ ਹਰਿਮੰਦਰ ਦੀ ਸਥਾਪਨਾ ਕੀਤੀ ਅਤੇ ਪਵਿੱਤਰ ਹਰਿਮੰਦਰ ਦੀ ਨੀਂਹ ਸਾਈਂ ਮੀਆਂ ਮੀਰ ਕੋਲੋਂ ਰਖਵਾਈ। ਸਾਈਂ ਮੀਆਂ ਮੀਰ ਗੁਰੂ ਅਰਜਨ ਪਾਤਸ਼ਾਹ ਦੇ ਬਹੁਤ ਪ੍ਰਸ਼ੰਸਕ ਸਨ ਅਤੇ ਪ੍ਰਸਿੱਧ ਸੂਫੀ ਸਿਲਸਿਲੇ ਕਾਦਰੀ ਦੇ ਮੁਖੀ ਵੀ ਸਨ। ਗੁਰੂ

ਬਾਕੀ ਸਫ਼ਾ 7 'ਤੇ

> ਅੱਜ ਦਾ ਯੁਗ ਜਿੱਥੇ ਵਿਗਿਆਨ ਅਤੇ ਤਕਨੀਕ ਦਾ ਯੁਗ ਕਿਹਾ ਜਾਂਦਾ ਹੈ ਉੱਥੇ ਹੀ ਇਹ ਖ਼ੁਦਗਰਜ਼ੀ ਤੇ ਬੇਈਮਾਨੀ ਦਾ ਵੀ ਯੁਗ ਹੈ। ਇਸ ਯੁਗ ਵਿੱਚ ਬਹੁਤ ਸਾਰੇ ਧੀਆਂ-ਪੁੱਤ ਅਜਿਹੇ ਹਨ ਜੋ ਅਹਿਸਾਨਫ਼ਰਾਮੋਸ਼ ਹੋ ਕੇ ਮਾਂ ਨੂੰ ਆਪਣੇ ਤੋਂ ਵੱਖ ਕਰ ਦਿੰਦੇ ਹਨ ਜਾਂ ਬਿਰਧ ਆਸ਼ਰਮ ਦੇ ਬੂਹੇ ਛੱਡ ਆਉਂਦੇ ਹਨ। ਸੱਚੀ ਗੱਲ ਤਾਂ ਇਹ ਹੈ ਕਿ ਅਜਿਹਾ ਕਰਨ ਵਾਲਿਆਂ ਤੋਂ ਵੱਧ ਬਦਨਸੀਬ ਦੁਨੀਆਂ 'ਤੇ ਕੋਈ ਹੋਰ ਨਹੀਂ ਹੋ ਸਕਦਾ ਹੈ।




# ਗੁਰੂ ਅਰਜਨ ਦੇਵ ਜੀ ਜੀਵਨ ਤੇ ਸ਼ਹਾਦਤ

ਹਰਚਰਨ ਸਿੰਘ

ਸ੍ਰੀ ਗੁਰੂ ਅਰਜਨ ਦੇਵ ਜੀ, ਚੌਥੇ ਪਾਤਸ਼ਾਹ ਗੁਰੂ ਰਾਮਦਾਸ ਦੇ ਸਪੁੱਤਰ ਦਾ ਜਨਮ 15 ਅਪ੍ਰੈਲ 1563 ਨੂੰ ਮਾਤਾ ਭਾਨੀ ਜੀ ਦੀ ਕੁੱਖੋਂ, ਗੋਇੰਦਵਾਲ ਵਿਖੇ ਹੋਇਆ।

ਸ਼ਾਂਤੀ ਦੇ ਪੁੰਜ, ਸੁਖਮਨੀ ਦੇ ਰਚੇਤਾ, ਬਾਣੀ ਦੇ ਬੋਹਿਥ, ਗੁਰੂ ਗ੍ਰੰਥ ਸਾਹਿਬ ਦੇ ਸੰਪਾਦਕ ਰਚੇਤਾ, ਨਾਮ ਬਾਣੀ ਵਿਚ ਵਿਲੀਨ, ਹਰਿਮੰਦਰ ਸਾਹਿਬ ਤੇ ਤਰਨਤਾਰਨ ਸਾਹਿਬ ਦੇ ਸਿਰਜਣਹਾਰੇ-ਸ੍ਰੀ ਗੁਰੂ ਅਰਜਨ ਦੇਵ ਜੀ, ਚੌਥੇ ਪਾਤਸ਼ਾਹ ਗੁਰੂ ਰਾਮਦਾਸ ਦੇ ਸਪੁੱਤਰ ਦਾ ਜਨਮ 15 ਅਪ੍ਰੈਲ 1563 ਨੂੰ ਮਾਤਾ ਭਾਨੀ ਜੀ ਦੀ ਕੁੱਖੋਂ, ਗੋਇੰਦਵਾਲ ਵਿਖੇ ਹੋਇਆ। ਇਨ੍ਹਾਂ ਦੀ ਮਾਤਾ ਬੀਬੀ ਭਾਨੀ ਗੁਰੂ ਅਮਰਦਾਸ ਦੀ ਬੇਟੀ ਸਨ। ਗੁਰੂ ਅਰਜਨ ਸਾਹਿਬ ਦੇ ਭਰਾ ਬਾਬਾ ਪ੍ਰਿਥੀ ਚੰਦ ਤੇ ਬਾਬਾ ਮਹਾਂਦੇਵ ਸਨ।

ਗੁਰੂ ਅਰਜਨ ਦੇਵ ਨੇ ਦੇਵਨਗਰੀ ਪਾਂਧੇ ਪਾਸੋਂ ਸਿੱਖੀ, ਫ਼ਾਰਸੀ ਅੱਖਰ ਪਿੰਡ ਦੇ ਮਕਤਬ ਵਿਚੋਂ ਸਿਖੇ ਤੇ ਸੰਸਕ੍ਰਿਤ ਵਿਦਿਆ, ਪੰਡਤ ਬੈਣੀ ਕੋਲੋਂ ਬੈਠ ਕੇ ਲਈ। ਕਈ ਲਿਖਾਰੀਆਂ ਨੇ ਲਿਖਿਆ ਹੈ ਕਿ ਗੁਰੂ ਅਰਜਨ ਦੇਵ ਉਨ੍ਹਾਂ ਭਾਸ਼ਾਵਾਂ ਦੇ ਅੰਤਰੀਵ ਭਾਵ ਨੂੰ ਪੂਰੀ ਤਰ੍ਹਾਂ ਸਮਝਦੇ ਸਨ। ਗੁਰੂ ਅਰਜਨ ਦੇਵ ਜੀ ਦਾ ਵੱਡਾ ਭਰਾ ਪ੍ਰਿਥੀ ਚੰਦ, ਦੁਨਿਆਵੀਂ ਤੌਰ ਉਤੇ ਸਿਆਣਾ ਤੇ ਚਤੁਰ ਬੁਧੀ ਵਾਲਾ ਸੀ। ਸਾਰਾ ਕੰਮ ਕਾਰ ਇਹੀ ਸੰਭਾਲਦੇ ਸਨ ਤੇ ਇਨ੍ਹਾਂ ਦੀ ਅੱਖ ਗੁਰੂਗੱਦੀ ਉਤੇ ਸੀ।

ਦੂਜੇ ਭਰਾ ਬਾਬਾ ਮਹਾਂਦੇਵ ਤਿਆਗੀ ਨਿਰਲੇਪ ਤੇ ਉਦਾਸੀ ਅਵਸਥਾ ਵਾਲੇ ਸਨ। ਗੁਰੂ ਅਰਜਨ ਦੇਵ, ਬ੍ਰਹਮ ਗਿਆਨੀ ਅਵਸਥਾ ਵਾਲੇ, ਧੀਰਜਵਾਨ, ਨਿਮਰ, ਆਤਮ ਰਸੀਏ, ਦਿਆਲੂ, ਸਮਦਰਸੀ ਤੇ ''ਬ੍ਰਹਮ ਗਿਆਨੀ ਆਪਿ ਪ੍ਰਮੇਸੁਰ'' ਸਰੂਪ ਸਨ। ਗੁਰੂ ਅਰਜਨ ਸਾਹਿਬ ਦੀ ਰੱਬੀ ਸ਼ਖ਼ਸੀਅਤ ਦੇ ਦਰਸ਼ਨਾਂ ਦੀ ਝਲਕ, ਭੱਟਾਂ ਦੇ ਸਵਯਾਂ ਵਿਚੋਂ ਵੇਖਣ ਨੂੰ ਮਿਲਦੀ ਹੈ। ਭੱਟ ਬਾਣੀ ਵਿਚ ਗੁਰੂ ਸਾਹਿਬ ਨੂੰ ''ਪਰਤਖੁ ਹਰਿ'' ਕਿਹਾ ਗਿਆ ਹੈ। ਗੁਰੂ ਸਾਹਿਬ ਦੀ ਇਹੋ ਜਹੀ ਸ਼ਖ਼ਸੀਅਤ ਸੀ ਜਿਨ੍ਹਾਂ ਦੀ ਤਕਣੀ ਨਾਲ ਪਾਪਾਂ ਦਾ ਨਾਸ ਤੇ ਅਗਿਆਨਤਾ ਦਾ ਹਨੇਰਾ ਦੂਰ ਹੋ ਜਾਂਦਾ ਸੀ। ਭੱਟ ਮਥਰਾ ਨੇ ਦਸਿਆ ਹੈ ਕਿ ਵਾਹਿਗੁਰੂ ਦੀ ਜੋਤ ਜਦੋਂ ਸੰਸਾਰ ਤੇ ਪ੍ਰਕਾਸ਼ਮਾਨ ਹੋਈ ਤਾਂ ਉਸ ਨੂੰ ਬਾਬਾ ਨਾਨਕ ਜੀ ਦੇ ਨਾਂ ਨਾਲ ਜਾਣਿਆ ਗਿਆ ਤੇ ਸੰਸਾਰ ਵਿਚ ਇਹੀ ਜੋਤ ਫਿਰ ਪੰਜਵੇਂ ਗੁਰੂ ਸਾਹਿਬਾਨ, ਰਾਹੀਂ ਕਿਰਿਆਸ਼ੀਲ ਹੋਈ:

ਜੋਤਿ ਰੂਪਿ ਹਰਿ ਆਪਿ ਗੁਰੂ ਨਾਨਕ ਕਹਾਯਉ।
ਤਾਂ ਤੇ ਅੰਗਦੁ ਭਯਉ, ਤਤ ਸਿਉ ਤਤੁ ਮਿਲਾਯਉ।
ਮੂਰਤ ਪੰਚ ਪ੍ਰਮਾਣ, ਪੁਰਖ ਗੁਰੂ ਅਰਜਨ ਪਿਖੇਹੁ ਨਯਣ। (ਪੰਨਾ 1408)

ਜੋਤਿ ਤੋਂ ਜੋਤਿ ਹੀ ਪ੍ਰਕਾਸ਼ਮਾਨ ਹੁੰਦੀ ਚਲਦੀ ਆਈ:
ਰਾਮਦਾਸਿ ਗੁਰੂ ਜਗ ਤਾਰਨ ਕਉ। ਗੁਰ ਜੋਤਿ ਅਰਜਨ ਮਾਹਿ ਧਰੀ। (ਪੰਨਾ 1409)

ਅਪਣੇ ਬੱਚਿਆਂ ਨੂੰ ਪਰਖਣ ਲਈ ਗੁਰੂ ਰਾਮਦਾਸ ਜੀ ਨੇ ਕਿਹਾ ਕਿ ਉਨ੍ਹਾਂ ਦੇ ਭਰਾ ਦੇ ਲੜਕੇ ਦੀ ਸ਼ਾਦੀ ਹੈ ਤੇ ਪ੍ਰਿਥੀ ਚੰਦ ਉਥੇ ਚਲੇ ਜਾਣ। ਉਹ ਕਹਿਣ ਲੱਗੇ ਕਿ ਮੈਂ ਕਿਵੇਂ ਜਾ ਸਕਦਾ ਹਾਂ ਕਿਉਂਕਿ ਇਥੇ ਬਹੁਤ ਜ਼ਿੰਮੇਵਾਰੀਆਂ ਹਨ। ਅਸਲ ਡਰ ਉਸ ਨੂੰ ਇਹ ਸੀ ਕਿ ਅਰਜਨ ਦੇਵ ਜੀ ਨੂੰ ਕਿਤੇ ਉਸ ਦੀ ਗ਼ੈਰ ਹਾਜ਼ਰੀ ਵਿਚ ਗੁਰਗੱਦੀ ਨਾ ਮਿਲ ਜਾਵੇ। ਗੁਰੂ

ਬਾਕੀ ਸਫ਼ਾ 7 'ਤੇ

> ਗੁਰੂ ਅਰਜਨ ਦੇਵ ਨੇ ਦੇਵਨਗਰੀ ਪਾਂਧੇ ਪਾਸੋਂ ਸਿੱਖੀ, ਫ਼ਾਰਸੀ ਅੱਖਰ ਪਿੰਡ ਦੇ ਮਕਤਬ ਵਿਚੋਂ ਸਿਖੇ ਤੇ ਸੰਸਕ੍ਰਿਤ ਵਿਦਿਆ, ਪੰਡਤ ਬੈਣੀ ਕੋਲੋਂ ਬੈਠ ਕੇ ਲਈ। ਕਈ ਲਿਖਾਰੀਆਂ ਨੇ ਲਿਖਿਆ ਹੈ ਕਿ ਗੁਰੂ ਅਰਜਨ ਦੇਵ ਉਨ੍ਹਾਂ ਭਾਸ਼ਾਵਾਂ ਦੇ ਅੰਤਰੀਵ ਭਾਵ ਨੂੰ ਪੂਰੀ ਤਰ੍ਹਾਂ ਸਮਝਦੇ ਸਨ। ਗੁਰੂ ਅਰਜਨ ਦੇਵ ਜੀ ਦਾ ਵੱਡਾ ਭਰਾ ਪ੍ਰਿਥੀ ਚੰਦ, ਦੁਨਿਆਵੀਂ ਤੌਰ ਉਤੇ ਸਿਆਣਾ ਤੇ ਚਤੁਰ ਬੁਧੀ ਵਾਲਾ ਸੀ। ਸਾਰਾ ਕੰਮ ਕਾਰ ਇਹੀ ਸੰਭਾਲਦੇ ਸਨ ਤੇ ਇਨ੍ਹਾਂ ਦੀ ਅੱਖ ਗੁਰੂਗੱਦੀ ਉਤੇ ਸੀ।

# ਬਾਣੀ ਦੇ ਬੋਹਿਥੁ ਗੁਰੂ ਅਰਜਨ ਦੇਵ ਜੀ

-ਡਾ. ਜਸਬੀਰ ਸਿੰਘ ਸਰਨਾ
99065-66604

ਬਾਣੀ ਦੇ ਬੋਹਿਥੁ ਗੁਰੂ ਅਰਜਨ ਦੇਵ ਜੀ

ਗੁਰੂ ਅਰਜਨ ਦੇਵ ਜੀ ਸਿੱਖਾਂ ਦੇ ਪੰਜਵੇਂ ਅਤੇ ਪਹਿਲੇ ਸ਼੍ਰੋਮਣੀ ਸ਼ਹੀਦ ਗੁਰੂ ਸਨ। ਗੁਰੂ ਸਾਹਿਬ ਨੇ ਆਪਣੇ ਗੁਰਗੱਦੀ ਕਾਲ ਦੌਰਾਨ ਸਭ ਤੋਂ ਮਹਾਨ ਕਾਰਜ ਇਲਾਹੀ ਬਾਣੀ ਰਚਨ ਅਤੇ ਪਹਿਲੇ ਗੁਰੂ ਸਾਹਿਬ ਨੇ ਸੂਫੀ ਸੰਤਾਂ, ਭਗਤਾਂ ਦੀ ਬਾਣੀ ਨੂੰ ਇਕੱਤਰ ਕਰ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਪਾਦਨਾ ਕੀਤੀ। ਚੌਵੀ ਅਕਤੂਬਰ 1605 ਨੂੰ ਜਹਾਂਗੀਰ ਤਖ਼ਤ 'ਤੇ ਬੈਠਾ ਤੇ ਖੁਸਰੋ ਤਖ਼ਤ ਨਾ ਮਿਲਣ ਕਾਰਨ ਮਾਯੂਸੀ ਦੇ ਆਲਮ ਵਿਚ ਘਿਰ ਗਿਆ। ਡੀ.ਕੇ. ਪੁਰਤਗਾਲੀ ਲਿਖਦਾ ਹੈ, "ਜਹਾਂਗੀਰ ਆਪਣੇ ਪੁੱਤਰ ਦੀ ਇੰਨੀ ਵਡਿਆਈ ਵੇਖ ਕੇ ਸੜਦਾ ਸੀ। ਜਹਾਂਗੀਰ ਖੁਸਰੋ ਨੂੰ ਜਾਨ ਤੋਂ ਵੀ ਮਾਰਨਾ ਚਾਹੁੰਦਾ ਸੀ। ਜਹਾਂਗੀਰ ਦੇ ਬਾਦਸ਼ਾਹ ਬਣਨ ਦੀ ਦੇਰ ਸੀ ਕਿ ਖੁਸਰੋ ਬਾਗੀ ਬਣ ਕੇ ਪੰਜਾਬ ਵੱਲ ਰਵਾਨਾ ਹੋ ਗਿਆ।

ਉਸ ਦਾ ਖਿਆਲ ਸੀ ਕਿ ਪੰਜਾਬ ਅਤੇ ਅਫ਼ਗਾਨਿਸਤਾਨ ਤੋਂ ਮਦਦ ਹਾਸਲ ਕਰ ਕੇ ਉਹ ਰਾਜ ਕਾਇਮ ਕਰਨ ਵਿਚ ਕਾਮਯਾਬ ਹੋਵੇਗਾ। ਖੁਸਰੋ ਦੇ ਬਾਗੀ ਹੋਣ ਦੀ ਖ਼ਬਰ ਸੁਣ ਕੇ ਜਹਾਂਗੀਰ ਨੇ ਆਪਣੇ ਕੋਤਵਾਲ ਕਾਜ਼ੀ-ਉਲ-ਮਲਕ ਨੂੰ ਖੁਸਰੋ ਨੂੰ ਰੋਕਣ ਲਈ ਪਿੱਛੇ ਭੇਜਿਆ ਪਰ ਖੁਸਰੋ ਬਹੁਤ ਦੂਰ ਜਾ ਚੁੱਕਾ ਸੀ। ਖੁਸਰੋ ਜਰਨੈਲੀ ਸੜਕ ਰਾਹੀਂ ਲਾਹੌਰ ਵੱਲ ਰਵਾਨਾ ਹੋ ਚੁੱਕਾ ਸੀ। ਜਦੋਂ ਖੁਸਰੋ ਨੂੰ ਇਹ ਪਤਾ ਲੱਗਾ ਕਿ ਜਹਾਂਗੀਰ ਵੀ 15 ਅਪ੍ਰੈਲ ਨੂੰ ਆਗਰੇ ਤੋਂ ਤੁਰ ਪਿਆ ਹੈ ਤਾਂ ਉਹ ਘਬਰਾਇਆ ਹੋਇਆ ਤਰਨਤਾਰਨ ਆ ਚੁੱਕਾ ਸੀ। ਗੁਰੂ ਅਰਜਨ ਸਾਹਿਬ ਦਾ ਤਰਨਤਾਰਨ ਵਿਖੇ ਹੋਣ ਦੀ ਗੱਲ ਸੁਣ ਕੇ ਉਹ ਅਸ਼ੀਰਵਾਦ ਤੇ ਦਰਸ਼ਨਾਂ ਲਈ ਆਇਆ। ਇੱਥੇ ਇਹ ਦੱਸਣਾ ਵੀ ਉੱਚਿਤ ਹੈ ਕਿ ਖੁਸਰੋ ਕਈ ਵਾਰ ਪਹਿਲਾਂ ਵੀ ਤਰਨਤਾਰਨ ਆ ਚੁੱਕਾ ਸੀ, ਨੇ ਸ਼ਰਨ ਆਇਆਂ ਨੂੰ ਲੰਗਰ ਛਕਾਇਆ, ਮਦਦ ਕੀਤੀ ਅਤੇ ਅਸ਼ੀਰਵਾਦ ਵੀ ਦਿੱਤਾ। ਗੁਰੂ ਅਰਜਨ ਸਾਹਿਬ ਨੂੰ ਜਦੋਂ ਭਾਈ ਸੰਗਾਰੂ ਅਤੇ ਭਾਈ ਜੈਤਾ ਜੀ ਨੇ ਤਲਵਾਰ ਧਾਰਨ ਕਰਨ ਲਈ ਬੇਨਤੀ ਕੀਤੀ ਤਾਂ ਗੁਰੂ ਸਾਹਿਬ ਨੇ ਬਚਨ ਕੀਤਾ, "ਅਸਾਂ ਜੋ ਸਸਤਰ ਪਕੜਨੇ ਹੈਨਿ ਸੋ (ਗੁਰੂ) ਹਰਿ ਗੋਬਿੰਦ ਦਾ ਰੂਪ ਧਾਰ ਕਰ ਪਕੜਨੇ ਹਨ, ਸਮਾਂ ਗਲਜੁਗ ਦਾ ਵਰਤਨਾ ਹੈ। ਸਸਤਰਾਂ ਦੀ ਵਿੱਦਿਆ ਕਰ ਮੀਰ ਦੀ ਮੀਰੀ ਖਿੱਚ ਲੈਣੀ ਹੈ ਤੇ ਸਬਦ ਦੀ ਪ੍ਰੀਤ ਕਰ ਪੀਰ ਦੀ ਪੀਰੀ ਲੈ ਲੈਣੀ ਹੈ। ਤੁਸੀਂ ਛੇਵੇਂ ਪਾਤਸਾਹ ਦੇ ਹਜੂਰ ਰਹਿਣਾ।'' (ਸਿੱਖਾਂ ਦੀ ਭਗਤ ਮਾਲਾ, ਸਫਾ 158)।

"ਸੂਰਮੇ ਨੂੰ ਚਾਹੀਦਾ ਹੈ ਧਰਮ ਦਾ ਯੁੱਧ ਕਰੇ। ਜੋ ਕੁਝ ਪਾਸ ਹੈ, ਸੋ ਦਾਨ ਕਰੇ। ਲੁੱਟੇ ਨਾ, ਦਾਨ ਕਰ ਸਸਤਰਾਂ ਵਿਚ ਬਰਕਤ ਹੁੰਦੀ ਹੈ, ਜਸ ਹੁੰਦਾ ਹੈ।" (ਉਹੀ, ਸਫਾ 149)।

ਲਾਹੌਰ ਰਵਾਨਾ ਹੋਣ ਤੋਂ ਪਹਿਲਾਂ ਗੁਰੂ ਅਰਜਨ ਸਾਹਿਬ ਨੇ ਆਪਣੇ ਸਾਹਿਬਜ਼ਾਦੇ (ਗੁਰੂ) ਹਰਿ ਗੋਬਿੰਦ ਨੂੰ ਆਖ਼ਰੀ ਹੁਕਮ ਦਿੱਤਾ, "ਆਪਣੇ ਤਖ਼ਤ 'ਤੇ ਖ਼ੁਦਮੁਖ਼ਤਾਰ ਹੋ ਕੇ ਬੈਠੋ ਅਤੇ ਆਪਣੀ ਯੋਗਤਾ ਅਨੁਸਾਰ ਫ਼ੌਜ ਰੱਖੋ। ਗੁਰੂ ਅਰਜਨ ਸਾਹਿਬ ਦੇ ਹੁਕਮ ਦੀ ਤਾਮੀਲ ਕਰਦੇ ਹੋਏ ਗੁਰੂ ਹਰਿ ਗੋਬਿੰਦ ਸਾਹਿਬ ਨੇ ਸਿੱਖ ਫ਼ੌਜ ਦੇ ਐਲਾਨਨਾਮੇ ਦੀ ਸ਼ੁਰੂਆਤ ਕੀਤੀ। ਹੁਕਮ ਦੀ ਤਾਮੀਲ ਕਰਦੇ ਹੋਏ ਗੁਰੂ ਅਰਜਨ ਸਾਹਿਬ ਨੇ ਮੁਖੀ ਸਿੱਖਾਂ ਨੂੰ ਵੀ ਬੜੇ ਚੜ੍ਹਦੀ ਕਲਾ ਵਾਲੇ ਉਪਦੇਸ਼ਾਂ ਨਾਲ ਸਰਸਾਰ ਕੀਤਾ।

"ਹਰਿ ਗੋਬਿੰਦ ਦੀ ਬਾਹਿ ਪਕੜਾਈ/
ਭਾਈ ਗੁਰਦਾਸ ਨੂੰ ਬੈਠ ਸਮਝਾਇਆ।
ਸਾਡਾ ਲਗੇਗਾ ਸੀਸ' ਇਹ ਨਿਸਚਾ ਆਇਆ। ਅਸਾਂ ਹੋਇਆ ਤੁਰਕਾਂ ਵਿਚ ਜਾਣਾ।
ਉਨ੍ਹਾਂ ਕਰਨੀ ਹੈ ਹੁਜਤ। ਤੁਸਾਂ ਦੁਆਬੇ ਵਿਚ ਕਰਨਾ ਟਿਕਾਣਾ। ਰਜਾਇ ਖਾਵੰਦ ਦੀ ਹੈ ਇਸ ਤਰ੍ਹਾਂ ਹੋਈ। ਸਰੀਰ ਹੈ ਛੁਟਣਾ। ਸੰਸਾ ਨਹੀਂ ਕੋਈ। ਸਾਹਿਬ ਮਥਾ ਟੇਕ ਵਿਦਿਆ ਹੋਇ ਗਏ। ਦੁਸਟ-ਚੋਕੜੀ ਵਿਚ ਆਵਤ ਭਏ (ਬੰਸਾਵਲੀ ਨਾਮਾ ਦਸਾਂ ਪਾਤਸਾਹੀਆਂ ਕਾ, ਕੇਸਰ ਸਿੰਘ ਛਿੱਬਰ, ਪਰਖ ਪਟਿਆਲਾ, 1972, ਸਫਾ 54-55)। 'ਦਸਿਸਤਾਨ-ਇ-ਮੁਜਾਹਿਬ' ਦਾ ਕਰਤਾ ਮੁਬਿੰਦ ਜੁਲਫਕਾਰ ਅਰਦਸਤਾਨੀ ਸਾਸਨੀ ਲਿਖਦਾ ਹੈ, "ਜਦ ਜੰਨਤ ਵਾਸੀ ਨੂਰੁੱਦੀਨ ਮੁਹੰਮਦ ਜਹਾਂਗੀਰ ਬਾਦਸਾਹ ਨੇ ਸਾਹਜਾਦਾ ਖੁਸਰੋ ਨੂੰ ਗ੍ਰਿਫ਼ਤਾਰ ਕਰ ਲਿਆ ਤਾਂ ਗੁਰੂ ਅਰਜਨ ਦੇਵ ਜੀ ਦੀ ਗ੍ਰਿਫ਼ਤਾਰੀ ਦਾ ਹੁਕਮ ਦਿੱਤਾ ਕਿਉਂਕਿ ਉਨ੍ਹਾਂ ਨੇ ਖੁਸਰੋ ਦੇ ਹੱਕ 'ਚ, ਜਿਸ ਨੇ ਕਿ ਆਪਣੇ ਬਾਪ ਵਿਰੁੱਧ ਬਗਾਵਤ ਕੀਤੀ ਹੋਈ ਸੀ, ਦੁਆ ਕੀਤੀ ਸੀ ਤੇ ਬਹੁਤ ਵੱਡੀ ਰਕਮ ਜੁਰਮਾਨਾ ਮੰਗਿਆ। ਫਿਰ ਉਨ੍ਹਾਂ ਨੂੰ ਲਾਹੌਰ ਦੇ ਰੇਗਿਸਤਾਨ 'ਚ ਰੱਖਿਆ ਜਿੱਥੇ ਉਨ੍ਹਾਂ ਨੇ ਸੂਰਜ ਦੀ ਤਪਸ਼, ਗਰਮੀ ਦੀ ਜ਼ਿਆਦਤੀ ਤੇ ਵਸੂਲ ਕਰਨ ਵਾਲਿਆਂ ਵੱਲੋਂ ਦਿੱਤੀਆਂ ਤਕਲੀਫ਼ਾਂ ਕਾਰਨ ਜਾਨ ਦੇ ਦਿੱਤੀ। ਇਹ ਗੱਲ ਹਿਜਰੀਂ, ਸੰਨ ਇਕ ਹਜ਼ਾਰ ਪੰਦਰਾਂ (1015 ਹਿਜਰੀ) 'ਚ ਹੋਈ ਹੈ। (ਕੁਝ ਕੁ ਪੁਰਾਤਨ ਸਿੱਖ ਇਤਿਹਾਸਕ ਪਤਰੇ, ਗੰਡਾ ਸਿੰਘ, 'ਫੁਲਵਾੜੀ' ਲਾਹੌਰ, ਮਾਰਚ-ਅਕਤੂਬਰ 1931, ਸਫਾ 9)

ਅਸਲ ਵਿਚ ਜੁਰਮਾਨਾ ਭਰਨ ਦੀ ਗੱਲ ਨਿਰਮੂਲ ਜਾਪਦੀ ਹੈ। ਦਬਿਸਤਾਨ ਦੇ ਕਰਤਾ ਨੇ ਇਹ ਗੱਲ ਕਿਸੇ ਤੋਂ ਸੁਣ ਕੇ ਲਿਖ ਲਈ ਜਾਪਦੀ ਹੈ। ਖੁਸਰੋ ਨੂੰ ਮੱਥੇ ਟਿੱਕਾ ਲਾਉਣ ਦੀ ਗੱਲ ਵੀ ਕਿਸੇ ਗੁਰ ਸਾਹਿਬ ਦੇ ਦੋਖੀ ਵੱਲੋਂ ਫੈਲਾਈ ਲੱਗਦੀ ਹੈ। ਉਹ ਜਦੋਂ ਵੀ ਢੁੱਕਵਾਂ ਸਮਾਂ ਜਾਣਦੇ, ਬਾਦਸ਼ਾਹ ਜਹਾਂਗੀਰ ਦੇ ਗੁਰੂ ਸਾਹਿਬ ਖ਼ਿਲਾਫ਼ ਕੰਨ ਭਰਦੇ ਰਹਿੰਦੇ ਸਨ। ਇਨ੍ਹਾਂ ਚੁਗਲਖੋਰਾਂ 'ਚੋਂ ਇਕ ਬੀਰਬਲ ਵੀ ਸੀ। ਜੇਕਰ ਜੁਰਮਾਨਾ ਜਾਂ ਟਿੱਕਾ ਲਾਉਣ ਵਿਚ ਕੋਈ ਸੱਚਾਈ ਹੁੰਦੀ ਤਾਂ ਇਸ ਦਾ ਜ਼ਿਕਰ ਬਾਦਸ਼ਾਹ ਦੀ ਆਪਣੀ ਲਿਖਤ 'ਤੁਜਕਿ - ਜਹਾਂਗੀਰੀ' ਵਿਚ ਜ਼ਰੂਰ ਹੁੰਦਾ। ਭਾਈ ਅੰਬਾ ਕੋਲੋਂ ਇਕ ਲੱਖ ਪੰਦਰਾਂ ਹਜ਼ਾਰ ਰੁਪਈਆ ਵਸੂਲ ਕੀਤਾ ਗਿਆ ਸੀ। ਬਾਦਸ਼ਾਹ ਜਹਾਂਗੀਰ 'ਤੋਜਕ- ਜਹਾਂਗੀਰੀ' ਵਿਚ ਗੁਰੂ ਅਰਜਨ ਸਾਹਿਬ ਬਾਰੇ ਸਪਸ਼ਟ ਲਿਖਦਾ ਹੈ, "ਗੋਇੰਦਵਾਲ ਵਿਚ ਜਿਹੜਾ ਕਿ ਦਰਿਆ ਬਿਆਸ ਦੇ ਕਿਨਾਰੇ ਉੱਤੇ ਹੈ, ਪੀਰਾਂ-ਬਜ਼ੁਰਗਾਂ ਦੇ ਲਿਬਾਸ ਵਿਚ ਅਰਜਨ ਨਾਮ ਦਾ ਇਕ ਹਿੰਦੂ ਸੀ ਜਿਸ ਨੇ ਬਹੁਤ ਸਾਰੇ ਭੋਲੇ-ਭਾਲੇ ਹਿੰਦੂਆਂ ਸਗੋਂ ਮੂਰਖ ਤੇ ਬੇਸਮਝ ਮੁਸਲਮਾਨਾਂ ਨੂੰ ਵੀ ਆਪਦੀ ਰਹਿਤ-ਬਹਿਤ ਦਾ ਮੁਰੀਦ ਬਣਾ ਕੇ ਆਪਣੇ ਵਲੀ ਤੇ ਪੀਰ ਹੋਣ ਦਾ ਨਗਾਰਾ ਵਜਾਇਆ ਹੋਇਆ ਸੀ। ਉਹ ਉਸ ਨੂੰ 'ਗੁਰੂ' ਆਖਦੇ ਸਨ। ਸਾਰੇ ਪਾਸਿਆਂ ਤੋਂ ਲੋਕ ਉਸ ਦੇ ਕੋਲ ਆ ਕੇ ਉਸ ਉੱਤੇ ਆਪਣੀ ਪੂਰੀ ਸ਼ਰਧਾ ਪ੍ਰਗਟ ਕਰਦੇ ਸਨ।

...ਮੈਂ ਉਸ ਦਾ ਮਾਲ-ਅਸਬਾਬ ਜ਼ਬਤ ਕਰ ਕੇ ਹੁਕਮ ਦਿੱਤਾ ਕਿ ਉਸ ਨੂੰ 'ਸਿਆਸਤ ਅਤੇ ਯਾਸਾ' ਦੇ ਤਹਿਤ ਸਜ਼ਾ ਦਿੱਤੀ ਜਾਵੇ।'' ਇਹ ਇੰਕਸ਼ਾਫ ਜਹਾਂਗੀਰ ਬਾਦਸ਼ਾਹ ਨੇ ਗੁਰੂ ਅਰਜਨ ਸਾਹਿਬ ਦੀ ਸ਼ਹੀਦੀ ਤੋਂ ਛੇ ਦਿਨ ਬਾਅਦ (ਭਾਵ 6 ਜੂਨ 1606) ਨੂੰ ਆਪਣੀ ਸਵੈ-ਜੀਵਨੀ 'ਤੋਜਕਿ-ਜਹਾਂਗੀਰੀ' ਵਿਚ ਕੀਤਾ। ਗੁਰੂ ਸਾਹਿਬ ਨੂੰ ਅਨੇਕਾਂ ਤਸੀਹੇ ਅਤੇ ਕਸ਼ਟ ਦਿੱਤੇ ਗਏ। ਸਿੱਖ ਇਤਿਹਾਸ ਵਿਚ ਜੇਕਰ ਆਉਂਦਾ ਹੈ ਕਿ ਗੁਰੂ ਸਾਹਿਬ ਨੂੰ ਤੱਤੀ ਤਵੀ 'ਤੇ ਬਿਠਾ ਕੇ, ਸਰੀਰ ਉੱਤੇ ਗਰਮਾ-ਗਰਮ ਰੇਤ ਪਾਈ ਗਈ ਅਤੇ ਫਿਰ ਉਨ੍ਹਾਂ ਨੂੰ ਦੇਗ ਵਿਚ ਉਬਾਲਿਆ ਗਿਆ। "ਦਬਿਸਤਾਨ" ਅਨੁਸਾਰ ਗੁਰੂ ਜੀ ਨੂੰ ਕੁਝ ਖਾਣ-ਪੀਣ ਨੂੰ ਨਾ ਦਿੱਤਾ, ਗਰਮ-ਸੜਦੀ ਰੇਤ 'ਚ ਸੁੱਟਿਆ ਗਿਆ ਅਤੇ ਪੱਥਰ ਮਾਰੇ ਜਿਸ ਨਾਲ ਉਨ੍ਹਾਂ ਦੇ ਸੀਸ 'ਚੋਂ ਲਹੂ ਨਿਕਲਦਾ ਗਿਆ। ਉਨ੍ਹਾਂ ਨੂੰ ਤਿੰਨ ਤੋਂ ਪੰਜ ਦਿਨਾਂ ਤਕ ਤਸੀਹੇ ਦਿੱਤੇ ਗਏ। ਛਾਲਿਆਂ ਭਰੇ ਸਰੀਰ ਨਾਲ, ਗੁਰੂ ਜੀ ਦੇ ਹੱਥ-ਪੈਰ ਬੰਨ੍ਹ ਕੇ 30 ਮਈ 1606 ਨੂੰ ਰਾਵੀ ਦਰਿਆ ਵਿਚ ਸੁੱਟ ਦਿੱਤਾ ਜਿੱਥੇ ਉਹ ਲੋਪ ਹੋ ਗਏ। ਭਾਈ ਗੁਰਦਾਸ ਜੀ ਵੀ ਲਿਖਦੇ ਹਨ ਕਿ 29-30 ਮਈ ਦੀ ਰਾਤ ਨੂੰ ਗੁਰੂ ਸਾਹਿਬ ਅਤਿ ਪੀੜਤ ਸਨ ਪਰ ਪੂਰਨ ਤੌਰ 'ਤੇ ਸ਼ਾਂਤ ਤੇ ਅਡੋਲ ਰਹੇ ਅਤੇ ਸ਼ਹੀਦੀ ਪਾਉਣ ਸਮੇਂ ਉਨ੍ਹਾਂ ਦੇ ਬੁੱਲਾਂ 'ਤੇ ਇਹ ਸ਼ਬਦ ਸਨ : ਸੁਣੀ ਅਰਦਾਸਿ ਸੁਆਮੀ ਮੇਰੈ, ਸਰਬ ਕਲਾ ਬਣਿ ਆਈ॥ ਪ੍ਰਗਟ ਭਈ ਸਗਲੇ ਜੁਗ ਅੰਤਰਿ, ਗੁਰ ਨਾਨਕ ਕੀ ਵਡਿਆਈ।। (ਸੋਰਠਿ ਮਹਲਾ 5)। ਇੰਜ ਗੁਰੂ ਨਾਨਕ ਸਾਹਿਬ ਦੇ ਅਸੂਲਾਂ ਅਤੇ ਆਦਰਸ਼ਾਂ ਦੀ ਵਡਿਆਈ ਸਾਰੇ ਸੰਸਾਰ 'ਤੇ ਉਜਾਗਰ ਹੋ ਗਈ ਹੈ। ਇਹੋ ਤੁਕ ਬਾਅਦ ਵਿਚ ਡੇਹਰਾ ਸਾਹਿਬ ਦੀ ਉਸਾਰੀ ਵੇਲੇ ਪ੍ਰਮੁੱਖ ਸਿੱਖਾਂ ਨੇ ਉਕਰ ਵੀ ਦਿੱਤੀ ਸੀ। ਇੰਜ ਗੁਰੂ ਅਰਜਨ ਸਾਹਿਬ ਜਹਾਂਗੀਰ ਬਾਦਸ਼ਾਹ ਦੇ ਤਅੱਸਬ, ਜ਼ਾਲਮਾਨਾ ਸੁਭਾਅ ਅਤੇ ਤੰਗਦਿਲੀ, ਚੰਦੂ ਦੀਆਂ ਸਾਜ਼ਿਸ਼ਾਂ, ਧਾਰਮਿਕ ਕੱਟੜਪੁਣੇ ਦਾ ਸ਼ਿਕਾਰ ਹੋਏ। ਗੁਰੂ ਸਾਹਿਬ ਦੇ ਤਸੀਹੇ ਦੇਖ ਕੇ ਹੀ 'ਉਮਦਤ ਤੁਲ-ਤਵਾਰੀਖ' ਦਾ ਲੇਖਕ ਲਿਖਦਾ ਹੈ ਕਿ ਕਲਮ ਲਹੂ ਦੇ ਹੰਝੂ ਕੇਰਦੀ ਹੈ, ਅੱਖਾਂ ਰੋਂਦੀਆਂ ਹਨ, ਦਿਲ ਪਾਟਦਾ ਹੈ ਅਤੇ ਜਾਨ ਹੈਰਾਨ ਹੁੰਦੀ ਹੈ :

''ਕਲਮ ਤਹਰੀਰੇ ਆਂ ਖੂੰ ਫਿਸਾ
ਵ ਦੀਦਾ ਗਿਰਿਆ
ਵ ਦਿਲ ਬਿਰਿਯਾ
ਵਾ ਜਾਨ ਹੈਰਾਂ ਸੈ ਬਾਸ਼ਦ''

ਅਕਬਰ ਨੇ ਜਦੋਂ ਗੁਰੂ ਸਾਹਿਬਾਨ ਦੇ ਜੀਵਨ 'ਤੇ ਨੇੜਿਓਂ ਝਾਤ ਮਾਰੀ ਤਾਂ ਉਹ ਗੁਰੂ ਘਰ ਦਾ ਸੇਵਕ ਹੀ ਬਣ ਗਿਆ। ਖੁਸਰੋ ਦੀ ਬਗਾਵਤ ਸਮੇਂ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਗਈਆਂ ਤੇ ਇਨ੍ਹਾਂ ਸਮਿਆਂ 'ਚ ਹੀ ਸ਼ੇਖ ਸਰਹਿੰਦੀ ਨੇ ਸ਼ੇਖ ਫਰੀਦ ਬੁਖਾਰੀ ਨਾਲ ਮਿਲ ਕੇ ਗੁਰੂ ਸਾਹਿਬ ਵਿਰੁੱਧ ਸਾਜ਼ਿਸ਼ ਘੜੀ। ਜਹਾਂਗੀਰ ਤਾਂ ਕੇਵਲ ਬਹਾਨਾ ਹੀ ਲੱਭਦਾ ਸੀ। ਗੁਰੂ ਅਰਜਨ ਸਾਹਿਬ ਦੀ ਸ਼ਹਾਦਤ ਦੀ ਖ਼ੁਸ਼ੀ ਸ਼ੇਖ ਅਹਿਮਦ ਸਰਹੰਦੀ ਨੂੰ ਹੋਈ ਜੋ ਚਿੱਠੀ ਰਾਹੀਂ ਆਪਣੇ ਮੁਖੀ ਚੇਲੇ ਸ਼ੇਖ ਫਰੀਦ ਬੁਖਾਰੀ (ਮੁਰਤਜਾ ਖਾਂ) ਨੂੰ ਪ੍ਰਗਟ ਕੀਤੀ। ਗੁਰੂ ਸਾਹਿਬ ਦੀ ਸ਼ਹਾਦਤ ਨੇ ਆਉਣ ਵਾਲੇ ਸਮਿਆਂ ਲਈ ਸਿੱਖ ਧਰਮ ਦੇ ਨਵੇਂ ਅਧਿਆਏ ਦੀ ਸ਼ੁਰੂਆਤ ਕੀਤੀ। ਸ਼ਹੀਦ ਕੀ ਜੋ ਮੌਤ ਹੈ ਵੁਹ ਕੌਮ ਕੀ ਹਯਾਤ ਹੈ, ਹਯਾਤ ਭੀ ਹਯਾਤ ਹੈ, ਔਰ ਮੌਤ ਭੀ ਹਯਾਤ ਹੈ।





ਹਰਮੀਤ ਵਿਦਿਆਰਥੀ

# ਬੁੱਲ੍ਹੇ ਸ਼ਾਹ ਦਾ ਵੱਸਣ ਕਸੂਰ ਵਾਇਆ ਚੂਨੀਆਂ...ਜੰਡਵਾਲਾ

ਵਰਲਡ ਪੰਜਾਬੀ ਕਾਂਗਰਸ ਦੀ ਲਾਹੌਰ ਵਿੱਚ ਹੋਣ ਵਾਲੀ 34 ਵੀਂ ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ ਲਈ ਫਾਰਮ ਭਰਦਿਆਂ ਇਹ ਗੱਲ ਮਨ ਦੇ ਕਿਸੇ ਕੋਨੇ ਵਿੱਚ ਵੀ ਨਹੀਂ ਸੀ ਕਿ ਕਸੂਰ ਦਾ ਵੀਜ਼ਾ ਵੀ ਮਿਲ ਜਾਵੇਗਾ। ਭਾ ਸਹਿਜਪ੍ਰੀਤ ਮਾਂਗਟ ਹੁਰਾਂ ਜਦ ਵੀਜ਼ੇ ਦੀ ਕਾਪੀ ਵਟਸਐਪ ਕੀਤੀ ਤਾਂ ਪਤਾ ਲੱਗਾ ਸੀ ਕਿ ਕਸੂਰ ਜ਼ਿਲ੍ਹੇ ਵਿੱਚ ਜਾ ਸਕਦੇ ਹਾਂ। ਨਾ ਕੇਵਲ ਇਹਨਾਂ ਵੀਜ਼ਿਆਂ ਲਈ ਸਗੋਂ ਕਾਨਫਰੰਸ ਦੇ ਸਮੁੱਚੇ ਪ੍ਰਬੰਧਾਂ ਲਈ ਸਹਿਜਪ੍ਰੀਤ ਮਾਂਗਟ ਹੁਰਾਂ ਦੀ ਸਖ਼ਤ ਮਿਹਨਤ ਨੂੰ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ। ਖ਼ੈਰ.... ਸਫ਼ਰ ਸ਼ੁਰੂ ਹੋਇਆ, ਅਟਾਰੀ ਤੋਂ ਹੋਟਲ ਪਾਕ ਹੈਰੀਟੇਜ ਲਾਹੌਰ ਵਾਇਆ ਵਾਹਗਾ..ਵਾਹਗਾ ਬਾਰਡਰ 'ਤੇ ਵਰਲਡ ਪੰਜਾਬੀ ਕਾਂਗਰਸ ਦੇ ਨਵੇਂ ਚੁਣੇ ਜਨਰਲ ਸਕੱਤਰ ਜਨਾਬ ਮੁਫ਼ਤੀ ਸਾਹਿਬ ਅਤੇ ਜਮੀਲ ਸਾਹਿਬ ਦੀ ਅਗਵਾਈ ਹੇਠ ਡੈਲੀਗੇਸ਼ਨ ਦਾ ਸ਼ਹਾਨਾ ਖ਼ੈਰਮਕਦਮ ਕੀਤਾ ਗਿਆ। ਕੁਝ ਇਹੋ ਜਿਹਾ ਸ਼ਾਹੀ ਸਵਾਗਤ ਹੀ ਡੇਵਿਸ ਰੋਡ ਵਾਲੇ ਪਾਕ ਹੈਰੀਟੇਜ ਹੋਟਲ ਵਿੱਚ ਵੀ ਹੋਇਆ। ਹੋਟਲ ਦੇ ਹਾਲ ਵਿੱਚ ਕਾਨਫਰੰਸ ਚੱਲ ਰਹੀ ਸੀ ਪਰ ਕਸੂਰ ਜਾਣ ਦੀ ਅੱਚਵੀ ਲੱਗੀ ਹੋਈ ਸੀ ਕਿਉਂਕਿ ਕਸੂਰ ਦੀ ਯਾਤਰਾ ਵਿੱਚ ਚੂਨੀਆਂ ਦੀ ਯਾਤਰਾ ਵੀ ਸ਼ਾਮਿਲ ਸੀ। ਤਜੱਮਲ ਕਲੀਮ ਨੂੰ ਮਿਲਣਾ ਸੀ,(ਜਦ ਇਹ ਲੇਖ ਛਪ ਰਿਹਾ ਹੈ ਤਾਂ ਤਜੱਮਲ ਕਲੀਮ ਵੀ ਹਮੇਸ਼ਾਂ ਲਈ ਅਲਵਿਦਾ ਕਹਿ ਗਿਆ ਹੈ) ਆਪਣੇ ਵੱਡਿਆਂ ਦੇ ਪਿੰਡ ਜੰਡ ਵਾਲੇ ਦੀ ਮਿੱਟੀ ਨੂੰ ਸਿਜਦਾ ਕਰਨਾ ਸੀ ਤੇ ਬਾਬਾ ਬੁੱਲ੍ਹੇ ਸ਼ਾਹ ਦੇ ਦਰਬਾਰ ਦੀ ਜ਼ਿਆਰਤ ਵੀ ਕਰਨੀ ਸੀ। ਕਸੂਰੀ ਜੁੱਤੀ ਲੈਣੀ ਸੀ ਤੇ ਕਸੂਰੀ ਮੇਥੀ ਦੀ ਖ਼ੁਸ਼ਬੋ ਨੂੰ ਆਪਣੇ ਅੰਦਰ ਮਹਿਸੂਸ ਕਰਨਾ ਸੀ। ਕਾਨਫਰੰਸ ਮੁੱਕਣ ਤੋਂ ਅਗਲੇ ਦਿਨ ਸ੍ਰੀ ਨਨਕਾਣਾ ਸਾਹਿਬ ਦੇ ਦਰਸ਼ਨ ਦਿਦਾਰੇ ਕੀਤੇ (ਵਿਸਥਾਰ ਨਾਲ ਅਗਲੀ ਕੜੀ ਵਿੱਚ)। ਅਗਲੇਰੇ ਦਿਨ ਸਵੇਰੇ ਸਵੇਰੇ ਬਾਬਾ ਇਕਬਾਲ ਕੈਸਰ, ਡਾ.ਸੁਖਦੇਵ ਸਿਰਸਾ, ਸੁਨੀਲ ਕਟਾਰੀਆ ਨਾਲ ਚੂਨੀਆਂ ਵੱਲ ਚਾਲੇ ਪਾ ਦਿੱਤੇ। ਗੱਡੀ ਦਾ ਸਟੀਅਰਿੰਗ ਬਾਬਾ ਇਕਬਾਲ ਕੈਸਰ ਦੇ ਸਨੇਹੀ ਸ਼ਗਿਰਦ ਅਲੀ ਦੇ ਹਵਾਲੇ ਸੀ। ਸਫ਼ਰ ਸ਼ੁਰੂ ਹੁੰਦਿਆਂ ਹੀ ਇਕਬਾਲ ਕੈਸਰ ਅੰਦਰਲੇ ਇਤਿਹਾਸਕਾਰ ਨੇ ਲਾਹੌਰ ਅਤੇ ਕਸੂਰ ਦਾ ਇਤਿਹਾਸ ਫਰੋਲਣਾ ਸ਼ੁਰੂ ਕਰ ਦਿੱਤਾ। ਡਾ.ਸੁਖਦੇਵ ਉਹਨਾਂ ਦਾ ਸਾਥ ਦੇ ਰਹੇ ਸਨ। ਦੋ ਵੱਡੇ ਬੰਦੇ ਜਦੋਂ ਬੋਲ ਰਹੇ ਹੋਣ ਤਾਂ ਮੂੰਹ ਬੰਦ ਰੱਖਣੇ ਚਾਹੀਦੇ ਹਨ , ਕੰਨਾਂ ਅਤੇ ਦਿਮਾਗ਼ ਦੀਆਂ ਖਿੜਕੀਆਂ ਖੁੱਲ੍ਹੀਆਂ। ਤਜੱਮਲ ਕਲੀਮ ਨੂੰ ਮਿਲ ਕੇ ਪਿੰਡ ਜੰਡਵਾਲੇ ਆਪਣੇ ਵੱਡਿਆਂ ਦੇ ਬੇਲੀ ਬਾਬੇ ਹਾਕਮ ਨੂੰ ਜਾ ਮੱਥਾ ਟੇਕਿਆ। ਅਗਲੀ ਯਾਤਰਾ ਕਸੂਰ ਦੀ ਸੀ। ਵਾਇਆ ਖੁਡੀਆਂ ਹੁੰਦੇ ਹੋਏ ਕਸੂਰ ਪੁੱਜ ਗਏ। ਰਸਤੇ ਵਿੱਚ ਆਉਂਦੇ ਪਿੰਡਾਂ ਥਾਵਾਂ ਦੇ ਇਤਿਹਾਸ ਬਾਬਾ ਕੈਸਰ ਇੰਝ ਸੁਣਾ ਰਹੇ ਸਨ ਜਿਵੇਂ ਉਹ ਉਹਨਾਂ ਪਿੰਡਾਂ ਨੂੰ ਉਹਨਾਂ ਸਮਿਆਂ ਤੋਂ ਜਾਣਦੇ ਹੋਣ ਜਦੋਂ ਇਹ ਪਿੰਡ ਬੱਝੇ ਹੋਣੇ ਨੇ । ਅਸੀਂ ਸਿਰਫ਼ ਕਾਰ ਤੇ ਹੀ ਸਫ਼ਰ ਨਹੀਂ ਕਰ ਰਹੇ ਸਾਂ, ਸਗੋਂ ਇਤਿਹਾਸ ਦੇ ਖੰਭਾਂ ਉੱਤੇ ਵੀ ਉੱਡ ਰਹੇ ਸਾਂ। ਉੱਥੇ ਜਾ ਕੇ ਪਹਿਲਾਂ ਜ਼ਿਲ੍ਹਾ ਪੁਲਿਸ ਦਫ਼ਤਰ ਵਿੱਚ ਹਾਜ਼ਰੀ ਭਰੀ। ਫਿਰ ਦਰਬਾਰ ਵੱਲ ਚੱਲ ਪਏ। ਬਜ਼ਾਰ ਜਾਣ ਦੀ ਇਜਾਜ਼ਤ ਨਾ ਮਿਲੀ ਤਾਂ ਕਸੂਰੀ ਜੁੱਤੀ ਵਾਲਾ ਚਾਅ ਪੂਰਾ ਨਾ ਹੋਇਆ। ਹਾਂ ਕਸੂਰੀ ਮੇਥੀ ਦਰਬਾਰ ਵਿੱਚੋਂ ਹੀ ਮਿਲ ਗਈ ਸੀ। ਕਸੂਰ ਦਾ ਇਤਿਹਾਸ ਇੱਕ ਹਜ਼ਾਰ ਵਰ੍ਹੇ ਤੋਂ ਵੱਧ ਪੁਰਾਣਾ ਹੈ।ਬ੍ਰਿਟਿਸ਼ ਹੁਕਮਰਾਨਾਂ ਦੇ ਕਬਜ਼ੇ ਵਿੱਚ ਆਉਣ ਵਾਲੇ ਆਖਰੀ ਸ਼ਹਿਰਾਂ ਚੋਂ ਇੱਕ ਕਸੂਰ ਹੈ। ਸ਼ਾਹ ਇਨਾਇਤ ਕਾਦਰੀ ਦੇ ਸ਼ਗਿਰਦ ਸੂਫ਼ੀ ਸ਼ਾਇਰ ਬਾਬਾ ਬੁੱਲ੍ਹੇ ਸ਼ਾਹ ਦੀ ਆਖਰੀ ਆਰਾਮਗਾਹ। ਬੰਧਨਾਂ ਤੋਂ ਮੁਕਤ ਸੂਫ਼ੀ ਸੰਤ, ਨੱਚ ਕੇ ਯਾਰ ਮਨਾਵਣ ਵਾਲਾ, ਰਾਂਝੇ ਮਾਹੀ ਨੂੰ ਆਪਣਾ ਮੱਕਾ ਕਹਿਣ ਵਾਲਾ ਬੁੱਲ੍ਹੇ ਸ਼ਾਹ। "ਨਾ ਹਮ ਹਿੰਦੂ ਨਾ ਤੁਰਕ ਜ਼ਰੂਰੀ, ਨਾਮ ਇਸ਼ਕ ਦੀ ਹੈ ਮਨਜ਼ੂਰੀ " ਦੇ ਐਲਾਨਨਾਮੇ ਨੂੰ ਆਪਣੇ ਧੁਰ ਅੰਦਰ ਤੱਕ ਵਸਾਉਣ ਵਾਲਾ ਸੂਫ਼ੀ ਫ਼ਕੀਰ ਜੋ ਸਦੀਆਂ ਤੱਕ ਪੰਜਾਬੀ ਜਨ ਮਾਨਸ ਦੀ ਚੇਤਨਾ ਦਾ ਹਿੱਸਾ ਰਹੇਗਾ ਅਤੇ ਪੰਜਾਬੀਆਂ ਦੀ ਸੋਚ ਨੂੰ ਮੁਤਾਸਿਰ ਕਰਦਾ ਰਹੇਗਾ। ਦਰਬਾਰ ਵੱਲ ਜਾਂਦਿਆਂ ਰਸਤੇ ਵਿੱਚ ਹੀ ਨਿਜ਼ਾਮ ਲੁਹਾਰ ਦੀ ਕਬਰ ਹੈ। 1835 ਵਿੱਚ ਤਰਨਤਾਰਨ ਇਲਾਕੇ ਦੇ ਸੋਹਲ ਪਿੰਡ ਵਿੱਚ ਲੁਹਾਰਾ ਕੰਮ ਕਰਨ ਵਾਲੇ ਪਰਿਵਾਰ ਵਿੱਚ ਜੰਮਿਆਂ ਇਹ ਯੋਧਾ ਆਪਣੇ ਗੈਰਤਮੰਦ ਸੁਭਾਅ ਕਰਕੇ ਚੜ੍ਹਦੀ ਉਮਰੇ ਹੀ ਸਰਕਾਰ ਦਾ ਬਾਗੀ ਬਣ ਗਿਆ। ਉਦੋਂ ਅੰਗਰੇਜ਼ ਹਕੂਮਤ ਪੰਜਾਬ ਵਿੱਚ ਆਪਣੇ ਪੈਰ ਪਸਾਰ ਰਹੀ ਸੀ। ਪੰਜਾਬ ਦੇ ਇਸ ਰੌਬਿਨ ਹੁੱਡ ਨੇ ਆਪਣੀ ਭੈਣ ਨਾਲ ਬਲਾਤਕਾਰ ਕਰਨ ਵਾਲੇ ਪੁਲਿਸ ਅਫ਼ਸਰ ਦਾ ਕਤਲ ਕਰਕੇ ਆਪਣੀ ਬਗ਼ਾਵਤ ਦਾ ਐਲਾਨ ਕਰ ਦਿੱਤਾ। ਸ਼ੁਜਾ, ਜਬਰਾ ਅਤੇ ਹੋਰ ਸਾਥੀਆਂ ਨਾਲ ਰਲਕੇ ਕਸੂਰ ਇਲਾਕੇ ਵਿੱਚ ਅੰਗਰੇਜ਼ ਨੂੰ ਵਖ਼ਤ ਪਾਈ ਰੱਖਿਆ। 1877 ਵਿੱਚ ਬਿਆਲੀ ਸਾਲ ਦੀ ਉਮਰੇ ਇੱਕ ਪੁਲਿਸ ਮੁਕਾਬਲੇ ਵਿੱਚ ਨਿਜ਼ਾਮ ਲੁਹਾਰ ਮਾਰਿਆ ਗਿਆ। ਕਹਿੰਦੇ ਨੇ ਉਸੇ ਦਾ ਸਾਥੀ ਸ਼ੁਜਾ ਹੀ ਗੱਦਾਰੀ ਕਰ ਗਿਆ ਸੀ। ਇਸਦੇ ਜਨਾਜ਼ੇ ਵਿੱਚ ਸ਼ਾਮਲ ਹੋਣ ਲਈ ਹਕੂਮਤ ਨੇ ਟੈਕਸ ਲਾ ਦਿੱਤਾ ਸੀ। ਇਹ ਵੀ ਮੰਨਿਆਂ ਜਾਂਦਾ ਹੈ ਉਸ ਵੇਲੇ ਲੋਕਾਂ ਨੇ ਉਸਦੇ ਜਨਾਜ਼ੇ ਵਿੱਚ ਸ਼ਾਮਲ ਹੋਣ ਲਈ 35000 ਰੁਪਏ ਟੈਕਸ ਤਾਰਿਆ ਸੀ । ਨਿਜ਼ਾਮ ਲੁਹਾਰ ਦੀ ਕਬਰ ਫੁੱਲ ਧਰਦਿਆਂ ਸੋਚ ਰਿਹਾ ਸਾਂ, "ਦਾਤਾ ਤੇ ਭਗਤ ਸੂਰਮੇ ਜਿਉਂਦੇ ਜੱਗ ਰਹਿੰਦੇ ਨੇ " ਕਸੂਰ ਸ਼ਹਿਰ ਦੇ ਅੰਦਰੂਨੀ ਹਿੱਸੇ ਵਿੱਚ ਬਣੀ ਬਾਬਾ ਬੁੱਲ੍ਹੇ ਸ਼ਾਹ ਦੀ ਖ਼ੂਬਸੂਰਤ ਦਰਗਾਹ , ਆਰਕੀਟੈਕਚਰ ਦਾ ਖ਼ੂਬਸੂਰਤ ਨਮੂਨਾ ਹੈ। ਬਹੁਤ ਖੁੱਲ੍ਹਾ ਵਿਹੜਾ, ਇੱਕ ਕੋਨੇ ਵਿੱਚ ਦਰਗਾਹ,ਦਰਗਾਹ ਤੇ ਸਿਰ ਝੁਕਾਉਂਦਿਆਂ ਮਨ ਵਿੱਚ ਵੱਖਰੇ ਜਿਹੇ ਅਹਿਸਾਸ ਲਹਿਰੀਆ ਪਾ ਰਹੇ ਸਨ। ਮਜਲਿਸ ਬਾਬਾ ਬੁੱਲ੍ਹੇ ਸ਼ਾਹ ਕਸੂਰ ਵਾਲੇ ਮਿੱਤਰਾਂ ਜਨਾਬ ਖ਼ਾਦਮ ਅਲੀ ਖੋਖਰ (ਸਦਰ), ਤਾਰਿਕ ਰਸ਼ੀਦ ਸੈਨੇਟਰ,ਪ੍ਰੋਫੈਸਰ ਮੁਨੱਵਰ ਗ਼ਨੀ (ਨਾਇਬ ਸਦਰ), ਮੁਹੰਮਦ ਸ਼ਰੀਫ਼ ਅੰਜੁਮ (ਜਨਰਲ ਸਕੱਤਰ), ਹਾਫ਼ਿਜ਼ ਬਸ਼ਾਰਤ,ਲਾਲਾ ਗ਼ੁਲਾਮ ਮੁਰਤਜ਼ਾ, ਅਰਸਲਾਨ ਜਾਵੇਦ, ਸ਼ੇਖ਼ ਮੁਹੰਮਦ ਅਲੀ ਗੁਨਾਹਗਾਰ ਨੇ ਆਪਣੇ ਹੋਰ ਸਾਥੀਆਂ ਨਾਲ ਹਾਰ ਪਾ ਕੇ ਅਤੇ ਸਰੋਪੇ ਦੇ ਕੇ ਡੈਲੀਗੇਸ਼ਨ ਦਾ ਸਵਾਗਤ ਕੀਤਾ। ਦਰਬਾਰ ਦੇ ਖੁੱਲ੍ਹੇ ਵਿਹੜੇ ਵਿੱਚ ਕਵਾਲ ਬਾਬਾ ਬੁੱਲ੍ਹੇ ਸ਼ਾਹ ਦਾ ਕਲਾਮ ਗਾ ਰਹੇ ਸਨ "ਕਦੇ ਆ ਮਿਲ ਯਾਰ ਪਿਆਰਿਆ" "ਸਾਹਮਣੇ ਹੋਵੇ ਯਾਰ ਤਾਂ ਨੱਚਣਾ ਪੈਂਦਾ ਏ" "ਕੀ ਬੇਦਰਦਾਂ ਸੰਗ ਯਾਰੀ" ਮਾਹੌਲ ਬਣਿਆਂ ਹੋਇਆ ਸੀ। ਇੱਕ ਵਜਦ ਤਾਰੀ ਸੀ। ਉੱਠਣ ਨੂੰ ਮਨ ਨਹੀਂ ਕਰ ਰਿਹਾ ਸੀ ਪਰ ਢਲਦੀ ਸ਼ਾਮ ਕੁਝ ਹੋਰ ਇਸ਼ਾਰੇ ਕਰ ਰਹੀ ਸੀ। ਮੈਂ ਤੇ ਸੁਨੀਲ ਫ਼ਿਰੋਜ਼ਪੁਰ ਵੱਲ ਇਸ਼ਾਰਾ ਕਰਕੇ ਕਹਿ ਰਹੇ ਸਾਂ ਕਿ ਵੇਖੋ ਫ਼ਿਰੋਜ਼ਪੁਰ ਕਿੰਨੀ ਕੁ ਦੂਰ ਹੈ । ਨਵਦੀਪ ਗਿੱਲ ਭਲਾ ਇਹ ਮੌਕਾ ਕਿਵੇਂ ਗੁਆ ਦਿੰਦਾ। ਉਸਨੇ ਤਸਵੀਰ ਖਿੱਚ ਲਈ ਅਤੇ ਸਾਡੇ ਲਾਗੇ ਆ ਕੇ ਕਹਿਣ ਲੱਗਾ ਕਿ ਇਸਦੀ ਕੈਪਸ਼ਨ ਹੋਣੀ ਚਾਹੀਦੀ ਹੈ....ਫ਼ਿਰੋਜ਼ਪੁਰ ਤੋਂ ਕਸੂਰ ਕਿੰਨਾ ਨੇੜੇ ਕਿੰਨਾ ਦੂਰ...



ਅਸੀਂ ਹੁਣ ਇਕਬਾਲ ਕੈਸਰ ਦੇ ਸੁਪਨਿਆਂ ਦੇ ਸੰਸਾਰ "ਪੰਜਾਬੀ ਖੋਜਗੜ੍ਹ" ਫੇਰੀ ਪਾਉਣੀ ਸੀ ਪਰ ਗੱਡੀ ਵਿੱਚ ਬੈਠਦਿਆਂ ਅਸੀਂ ਬਾਬਾ ਬੁੱਲ੍ਹੇ ਸ਼ਾਹ ਨਾਲ ਜੁੜੀਆਂ ਕਿੰਨੀਆਂ ਹੀ ਦੰਦਕਥਾਵਾਂ ਦੀ ਚਰਚਾ ਕਰ ਹੀ ਰਹੇ ਸਾਂ ਕਿ ਅਚਾਨਕ ਕੈਸਰ ਸਾਹਿਬ ਨੇ ਕਿਹਾ," ਇਹ ਫ਼ਿਰੋਜ਼ਪੁਰ ਰੋਡ ਹੈ, ਸਾਹਮਣੇ ਵਾਲੇ ਪਾਸੇ ਨੂੰ ਨਾਲ ਹੀ ਕਾਦੀਵਿੰਡ ਹੈ।" ਸੁਣਦਿਆਂ ਹੀ ਪਿੰਡੇ ਵਿੱਚ ਝਰਨਾਹਟ ਛਿੜ ਪਈ। ਕਾਦੀਵਿੰਡ ਸ੍ਰ. ਸੋਹਣ ਸਿੰਘ ਸੀਤਲ ਦਾ ਪਿੰਡ ਹੈ । ਸੋਹਣ ਸਿੰਘ ਸੀਤਲ ਜਿਸ ਦੀਆਂ ਢਾਡੀ ਵਾਰਾਂ ਸੁਣ ਕੇ ਵੱਡੇ ਹੋਏ ਹਾਂ। ਚੌਦਾਂ ਪੰਦਰਾਂ ਵਰ੍ਹਿਆਂ ਦੇ ਜੁਆਕ ਨੂੰ ਕਿੰਨੀ ਕੁ ਸਮਝ ਹੁੰਦੀ ਏ (ਇਹ ਮੈਂ ਅੱਜ ਦੀ ਪੀੜ੍ਹੀ ਦੀ ਗੱਲ ਨਹੀਂ ਕਰ ਰਿਹਾ ਸਗੋਂ ਚਾਲੀ ਪੰਜਤਾਲੀ ਸਾਲ ਪਹਿਲੇ ਜੁਆਕਾਂ ਦੀ ਗੱਲ ਕਰ ਹੈ) ਪਰ ਉਦੋਂ ਵੀ "ਸਿੱਖ ਰਾਜ ਕਿਵੇਂ ਗਿਆ" ਸੁਣ ਕੇ ਅੱਖਾਂ ਭਿੱਜ ਜਾਂਦੀਆਂ ਸਨ। ਆਪਣੇ ਢਾਡੀ ਜਥੇ ਦਾ ਉਹ ਆਪ ਮੋਹਰੀ ਸੀ। ਢੱਡ ਅਤੇ ਸਾਰੰਗੀ ਦੀ ਸਿਖਲਾਈ ਉਸਨੇ ਲਲਿਆਣੀ ਵਾਲਾ ਬਾਬੇ ਚਰਾਗ਼ਦੀਨ ਪਾਸੋਂ ਲਈ ਸੀ। ਲਲਿਆਣੀ ਹੀ ਤਾਂ ਜਾਣਾ ਸੀ ਅਸੀਂ । ਖੋਜਗੜ੍ਹ ਲਲਿਆਣੀ ਵਿੱਚ ਹੀ ਹੈ। ਅਕਰਮ ਸ਼ੇਖ਼ ਵੀ ਇੱਥੋਂ ਦਾ ਸੀ ਤੇ ਅਲੀਮ ਸ਼ਕੀਲ ਵੀ। ਹੁਣ ਦੋਵੇਂ ਇਸ ਦੁਨੀਆਂ ਵਿੱਚ ਨਹੀਂ ਹਨ । ਵੇਖਿਆ ਗੱਲ ਤਾਂ ਕਸੂਰ ਤੋਂ ਸ਼ੁਰੂ ਹੋਈ ਸੀ,ਦਰਬਾਰ ਬਾਬਾ ਬੁੱਲ੍ਹੇ ਸ਼ਾਹ ਤੋਂ ਹੁੰਦੀ ਹੋਈ ਵਾਇਆ ਸੋਹਣ ਸਿੰਘ ਸੀਤਲ ਅਕਰਮ ਸ਼ੇਖ਼ ਤੱਕ ਪੁੱਜ ਗਈ। ਹਜ਼ੂਰ ਇਹ ਰਿਸ਼ਤਿਆਂ ਦਾ ਸਫਰਨਾਮਾ ਹੈ, ਮੁਹੱਬਤਾਂ ਦੀ ਯਾਤਰਾ । ਇਸ ਵਿੱਚ ਸਿੱਧਾ ਸਿੱਧਾ ਕੁਝ ਨਹੀਂ ਹੁੰਦਾ।ਇਸ ਤਰ੍ਹਾਂ ਦੇ ਮੋੜ ਘੋੜ ਤਾਂ ਆਉਂਦੇ ਹੀ ਰਹਿਣਗੇ। ਇਸੇ ਦੌਰ ਵਿੱਚ ਹੀ "ਤੂਤਾਂ ਵਾਲਾ ਖੂਹ" ਪੜ੍ਹਿਆ ਸੀ। ਇਲਮਦੀਨ, ਸੱਜਣ ਸਿੰਘ ਅਤੇ ਧੰਨੇਸ਼ਾਹ ਜਾਣੇ ਪਛਾਣੇ ਜਿਹੇ ਜੀਅ ਲੱਗਦੇ ਸਨ। ਬਾਬਾ ਅਕਾਲੀ ਤਾਂ ਜਿਵੇਂ ਆਪਣੇ ਟੱਬਰ ਦਾ ਹੀ ਕੋਈ ਵੱਡ ਵਡੇਰਾ ਹੋਵੇ। ਸੁਚੱਜੀ ਜ਼ਿੰਦਗੀ ਦਾ ਸੁਨੇਹਾ ਦਿੰਦਾ, ਸੱਚ ਤੇ ਪਹਿਰਾ ਦੇਣ ਦੀ ਜਾਚ ਸਿਖਾਉਂਦਾ।ਡਿੱਗੇ ਢੱਠਿਆਂ ਨੂੰ ਹੌਂਸਲਾ ਦੇ ਕੇ ਉਠਾਉਂਦਾ ਕਿੰਨਾ ਪਿਆਰਾ ਮਨੁੱਖ। 1981-82 ਵਿੱਚ ਪੜ੍ਹਿਆ ਸੀ ਇਹ ਨਾਵਲ ਪਰ ਅੱਜ ਵੀ ਇਸ ਨਾਵਲ ਦੀ ਕਹਾਣੀ ਪੂਰੀ ਦੀ ਪੂਰੀ ਯਾਦ ਹੈ। ਇਹ ਸੀਤਲ ਦੀ ਕਲਮ ਦੀ ਸ਼ਕਤੀ ਹੈ। ਇਹ "ਤੂਤਾਂ ਵਾਲਾ ਖੂਹ" ਅਤੇ "ਦੁਖੀਏ ਮਾਂ ਪੁੱਤ "ਇੱਥੇ ਕਾਦੀਵਿੰਡ ਵਿੱਚ ਹੀ ਲਿਖੇ ਗਏ। ਇਸੇ ਕਾਦੀਵਿੰਡ ਅਤੇ ਤਰਗੇ ਦੀ ਹੱਦ ਤੇ ਗੁਰੂ ਅਮਰਦਾਸ ਜੀ ਦੇ ਪ੍ਰੇਮ ਇਹਨਾਂ ਦੋਹਾਂ ਪਿੰਡਾਂ ਦੀ ਸੰਗਤ ਵੱਲੋਂ ਉਸਾਰਿਆ ਗਿਆ ਗੁਰਦੁਆਰਾ ਝਾੜੀ ਸਾਹਿਬ ਹੈ। ਬਹੁਤ ਜ਼ਿਆਦਾ ਮਸ਼ਹੂਰ ਸਥਾਨ ਨਾ ਹੋਣ ਕਰਕੇ ਗੁਰਦੁਆਰਾ ਸਾਹਿਬ ਦੀ ਇਮਾਰਤ ਦੇ ਨਿਸ਼ਾਨ ਹੀ ਬਚੇ ਹਨ। ਬਹੁਤ ਮਨ ਸੀ ਕਿ ਕਿ ਕਾਦੀਵਿੰਡ ਦਾ ਗੇੜਾ ਕੱਢਿਆ ਜਾਏ ਪਰ ਘੜੀ ਦੀਆਂ ਸੂਈਆਂ ਸਾਡੀ ਰਫ਼ਤਾਰ ਨਾਲੋਂ ਕਿਤੇ ਤੇਜ਼ ਭੱਜ ਰਹੀਆਂ ਹਨ...ਲਲਿਆਣੀ ਵਾਲਾ ਖੋਜ ਗੜ੍ਹ ਸਾਡੀ ਉਡੀਕ ਕਰ ਰਿਹਾ ਸੀ ਜਿਸ ਦੇ ਮੁੱਖ ਦਰਵਾਜ਼ੇ ਤੇ "ਧਰਤੀ ਹੇਠਲੇ ਬਲਦ 'ਅਤੇ ' ਮੈਨੂੰ ਜਾਣਦੈਂ ' ਵਰਗੀਆਂ ਸ਼ਾਹਕਾਰ ਕਹਾਣੀਆਂ ਦੇ ਲੇਖਕ ਕੁਲਵੰਤ ਸਿੰਘ ਵਿਰਕ ਦੇ ਜੱਦੀ ਘਰ ਦੇ ਤਖ਼ਤੇ ਲੱਗੇ ਹੋਏ ਨੇ। ਇੱਧਰੋਂ ਭਾਈ ਵੀਰ ਸਿੰਘ ਹੁਰੀਂ ਕੰਨਾਂ ਵਿੱਚ ਕਹਿ ਰਹੇ ਸਨ, "ਰਹੀ ਵਾਸਤੇ ਘੱਤ 'ਸਮੇਂ' ਨੇ ਇੱਕ ਨਾ ਮੰਨੀ, ਫੜ ਫੜ ਰਹੀ ਧਰੀਕ 'ਸਮੇਂ' ਖਿਸਕਾਈ ਕੰਨੀ ," ਅਸੀਂ ਕਾਦੀਵਿੰਡ ਰੋਡ ਨੂੰ ਬੜੀਆਂ ਹਸਰਤ ਭਰੀਆਂ ਨਿਗਾਹਾਂ ਨਾਲ ਵੇਖਦੇ ਹੋਏ ਲਲਿਆਣੀ ਵੱਲ ਨੂੰ ਚਾਲੇ ਪਾ ਦਿੱਤੇ। ........ਸਫ਼ਰ ਤਾਂ ਜਾਰੀ ਹੀ ਰਹਿੰਦਾ ਹੈ। ਹਾਂ ਸੱਚ ਉਸ ਦਿਨ ਤਰੀਕ 23 ਜਨਵਰੀ 2025 ਸੀ ਤੇ ਦਿਨ ਵੀਰਵਾਰ.....

# ਕਿਵੇਂ ਮਰੀਏ ?

**ਜਾਰਜ ਮੀਕੇਸ਼**

ਸੰਯੁਕਤ ਰਾਜ ਅਮਰੀਕਾ ਵਿਚ ਮਰਨਾ ਬਹੁਤ ਮਜ਼ੇਦਾਰ ਹੁੰਦਾ ਹੈ। ਸਭ ਤੋਂ ਪਹਿਲਾਂ ਤਾਂ ਇਹ ਇਸ ਦੇ ਪ੍ਰਬੰਧਕਾਂ ਲਈ ਮਜ਼ੇਦਾਰ ਹੁੰਦਾ ਹੈ ਜੋ ਇਸ ਧੰਦੇ 'ਚੋਂ ਮੋਟੀ ਕਮਾਈ ਕਰਦੇ ਹਨ, ਪਰ ਇਹ ਮਰਨ ਵਾਲੇ ਲਈ ਵੀ ਬਹੁਤ ਮਜ਼ੇਦਾਰ ਹੁੰਦਾ ਹੈ ਜੋ ਅਚਨਚੇਤ ਹੀ ਸਭ ਦਾ ਧਿਆਨ ਖਿੱਚਣ ਲੱਗਦਾ ਹੈ ਅਤੇ ਇਸ ਸਾਰੇ ਹੋ-ਹੱਲੇ ਦਾ ਕੇਂਦਰ ਬਣ ਜਾਂਦਾ ਹੈ।

ਅਮਰੀਕਨ ਅਖ਼ਬਾਰਾਂ ਕ੍ਰਿਆ-ਕਰਮ ਦੇ ਇਸ਼ਤਿਹਾਰਾਂ ਨਾਲ ਭਰੀਆਂ ਹੁੰਦੀਆਂ ਹਨ:

''ਕ੍ਰਿਆ-ਕਰਮ ਦੀ ਅਜਿਹੀ ਸੇਵਾ ਜੋ ਤੁਹਾਡੇ ਮਨ ਨੂੰ ਸਦਾ-ਸਦਾ ਲਈ ਸ਼ਾਂਤ ਕਰ ਦੇਵੇਗੀ।'' ਜਾਂ;

"ਅਜਿਹੀ ਕ੍ਰਿਆ-ਕਰਮ ਸੇਵਾ ਜਿਸ 'ਚੋਂ ਤੁਹਾਨੂੰ ਸੱਚਮੁਚ ਆਨੰਦ ਆਵੇਗਾ।'' ਜਾਂ;

"ਸ਼ਾਨਦਾਰ ਕ੍ਰਿਆ-ਕਰਮ ਸੇਵਾ।'' ਜਾਂ;

"ਆਰਾਮਦਾਇਕ ਕ੍ਰਿਆ-ਕਰਮ।'' ਜਾਂ;

"ਅਜਿਹਾ ਕ੍ਰਿਆ-ਕਰਮ ਜੋ ਤੁਹਾਡੇ ਟੱਬਰ ਨੂੰ ਮਹੀਨਿਆਂ ਬੱਧੀ ਖ਼ੁਸ਼ ਰੱਖੇਗਾ।'' ਜਾਂ;

"150 ਡਾਲਰ ਵਿਚ ਨਾ-ਭੁੱਲਣਯੋਗ ਕ੍ਰਿਆ-ਕਰਮ। 200 ਡਾਲਰ ਵਿਚ ਇਸ ਸਭ ਦੇ ਨਾਲ ਦੱਖਣੀ ਬੂਟੇ ਵੀ ਸਜਾਏ ਜਾਣਗੇ। 215 ਡਾਲਰ ਵਿਚ ਇਸੇ ਕ੍ਰਿਆ-ਕਰਮ ਵਿਚ ਦੋ ਖਜੂਰ ਦੇ ਪੌਦੇ ਵੀ ਰੱਖੇ ਜਾਣਗੇ।'' ਜਾਂ;

"ਅਜਿਹਾ ਕ੍ਰਿਆ-ਕਰਮ ਜਿਸ ਵਿਚ ਲੂਈ ਚੌਦਵੇਂ ਦੇ ਕਮਰਿਆਂ ਦੀਆਂ ਲੁਕਵੀਆਂ ਨਿਓਨ-ਲਾਈਟਾਂ ਲਗਾਈਆਂ ਜਾਣਗੀਆਂ।'' ਜਾਂ;

"ਸਾਡੇ ਕੋਲ ਆਉ। ਅਸੀਂ ਤੁਹਾਨੂੰ ਬਿਹਤਰ ਢੰਗ ਨਾਲ ਦਫ਼ਨਾਵਾਂਗੇ।''

...ਤੇ ਲੋਕ ਇਨ੍ਹਾਂ ਕੋਲ ਜਾਂਦੇ ਵੀ ਹਨ। ਉਹ ਬੜੇ ਜੋਸ਼, ਉਤਸ਼ਾਹ ਅਤੇ ਚਾਅ ਨਾਲ ਆਪਣੇ ਕ੍ਰਿਆ-ਕਰਮ ਬਾਰੇ ਗੱਲਬਾਤ ਕਰਦੇ ਹਨ। ਕਫ਼ਨ ਦੀ ਚੋਣ ਕਰਦੇ ਹਨ (ਇਸ ਕੰਮ ਲਈ ਸਭ ਤੋਂ ਪਹਿਲਾਂ ਮਾਪ ਲਏ ਜਾਂਦੇ ਹਨ), ਉਸ ਉੱਤੇ ਕੀਤੀ ਜਾਣ ਵਾਲੀ ਸਜਾਵਟ ਚੁਣਦੇ ਹਨ, ਗਾਉਣ ਵਾਲੇ ਗੀਤ ਤੈਅ ਕਰਦੇ ਹਨ, ਸਜਾਉਣ ਵਾਲੇ ਖਜੂਰ ਦੇ ਪੌਦੇ ਚੁਣਦੇ ਹਨ ਤੇ ਇਹ ਵੀ ਤੈਅ ਕਰਦੇ ਹਨ ਕਿ ਉਨ੍ਹਾਂ ਨੂੰ ਲਾਉਣਾ ਕਿਵੇਂ ਹੈ। ਕ੍ਰਿਆ-ਕਰਮ 'ਤੇ ਆਉਣ ਵਾਲਾ ਖ਼ਰਚਾ ਉਹ ਕਿਸ਼ਤਾਂ ਵਿਚ ਤਾਰਦੇ ਰਹਿੰਦੇ ਹਨ ਤੇ ਆਉਣ ਵਾਲੇ ਮਹਾਨ ਦਿਵਸ ਦੀ ਉਡੀਕ ਕਰਦੇ ਰਹਿੰਦੇ ਹਨ।

ਮੈਂ ਇਸ ਮਰਦੂਦ, ਪਰ ਵਧ-ਫੁਲ ਰਹੇ ਉਦਯੋਗ ਦੀ ਸਾਰੀ ਤਫ਼ਸੀਲ ਵਿਚ ਨਹੀਂ ਜਾਣਾ ਚਾਹੁੰਦਾ। ਹਾਲਾਂਕਿ ਪ੍ਰਬੰਧਕਾਂ ਦੀ ਚੁਸਤੀ-ਫੁਰਤੀ ਅਤੇ ਚਾਲ-ਢਾਲ ਵਿਚ ਅੰਤਾਂ ਦਾ ਆਕਰਸ਼ਣ ਹੁੰਦਾ ਹੈ। ਸੰਸਾਰ ਦੇ ਉਹ ਇਕੱਲੇ ਅਜਿਹੇ ਵਪਾਰੀ ਹਨ ਜੋ ਧਰਤੀ ਦੇ ਹਰ ਬਸ਼ਿੰਦੇ ਨੂੰ ਆਪਣਾ ਆਉਣ ਵਾਲਾ ਗਾਹਕ ਸਮਝਦੇ ਹਨ। ਬੁੱਢਿਆਂ ਵੱਲ ਥੋੜ੍ਹਾ ਸ਼ੱਕ ਅਤੇ ਨੈਤਿਕ ਤੌਰ 'ਤੇ ਲੁਕਵੇਂ ਸਵੈ-ਯਕੀਨ ਨਾਲ ਦੇਖਦੇ ਹੋਏ ਵੀ ਉਨ੍ਹਾਂ ਦੀਆਂ ਅੱਖਾਂ ਵਿਚ ਅਜਿਹੀ ਉਮੀਦ ਚਮਕਦੀ ਰਹਿੰਦੀ ਹੈ ਕਿ ਉਹ ਵੀ ਆਪਣੇ ਕ੍ਰਿਆ-ਕਰਮ ਲਈ ਦੱਖਣੀ ਪੌਦੇ ਅਤੇ ਦੋ ਖਜੂਰ ਦੇ ਬੂਟੇ ਜ਼ਰੂਰ ਆਰਡਰ ਕਰਕੇ ਜਾਣਗੇ। ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਭਾਂਡੇ ਮਾਂਜਣਾ ਹੀ ਇਕੋ-ਇਕ ਅਜਿਹਾ ਕਿੱਤਾ ਨਹੀਂ ਹੈ ਜੋ ਕੋਈ ਵੀ ਮਨੁੱਖ ਬਗੈਰ ਕਿਸੇ ਕੁਸ਼ਲਤਾ ਅਤੇ ਲੋੜੀਂਦੇ ਗਿਆਨ ਦੇ, ਦੀਵਾਲੀਆ ਹੋਣ ਵੇਲੇ ਕਰ ਸਕਦਾ ਹੋਵੇ। ਤੁਸੀਂ ਕਿਸੇ ਵੇਲੇ ਵੀ ਅਫ਼ਸੋਸ ਕਰਨ ਦਾ ਧੰਦਾ ਅਪਣਾ ਸਕਦੇ ਹੋ। ਪ੍ਰਬੰਧਕ ਤੁਹਾਨੂੰ 25 ਫ਼ੀਸਦੀ ਤੱਕ ਅਦਾ ਕਰੇਗਾ ਤੇ ਉਸ ਦੀ ਰੇਟ-ਸੂਚੀ ਇੰਝ ਹੋਵੇਗੀ: ਤਾਬੂਤ ਕੋਲ ਸਿਰ ਝੁਕਾ ਕੇ ਖਲੋਣ ਅਤੇ ਉਦਾਸ ਲਹਿਜੇ 'ਚ ਦਿਸਣ ਦੇ ਪੰਜ ਡਾਲਰ। ਸਭ ਕੁਝ ਪਹਿਲਾਂ ਦੱਸੇ ਵਾਂਗ ਅਤੇ ਕਦੇ-ਕਦੇ ਦੋ ਹੰਝੂ ਟਪਕਾਉਣ ਦੇ ਦਸ ਡਾਲਰ। ਸਭ ਕੁਝ ਪਹਿਲਾਂ ਵਾਲਾ ਹੀ ਅਤੇ ਨਾਲ ਹੀ ਰੋਣਾ, ਚੀਕਣਾ ਅਤੇ ਹਉਕੇ ਭਰਨ ਦੇ ਪੰਝੀ ਡਾਲਰ। ਜੇ ਤੁਸੀਂ ਤਾਬੂਤ ਉਤਾਰਨ ਵੇਲੇ ਕਬਰ 'ਚ ਛਲਾਂਗ ਵੀ ਮਾਰ ਦਿਉ ਪੰਝੱਤਰ ਡਾਲਰ (ਪਰ ਇਹੋ ਜਿਹੇ ਆਰਡਰ ਅੱਜਕੱਲ੍ਹ ਕਾਫ਼ੀ ਘਟ ਗਏ ਹਨ, ਕਿਉਂਕਿ ਇਹ ਰੇਟ ਕਾਫ਼ੀ ਤੇ ਲੋੜੋਂ ਵੱਧ ਉੱਚਾ ਸਮਝਿਆ ਜਾਂਦਾ ਹੈ)।

**- ਪੰਜਾਬੀ ਰੂਪ: ਕੇ.ਐਲ. ਗਰਗ**
**ਸੰਪਰਕ: 94635-37050**



# ਲੋਕ ਗੀਤਾਂ ਵਰਗੇ ਗੀਤਾਂ ਦਾ ਸਿਰਜਕ ਨੰਦ ਲਾਲ ਨੂਰਪੁਰੀ

**ਡਾ. ਇਕਬਾਲ ਸਿੰਘ ਸਕਰੌਂਦੀ**

ਨੰਦ ਲਾਲ ਨੂਰਪੁਰੀ ਪੰਜਾਬੀ ਗੀਤਕਾਰੀ ਦਾ ਉਹ ਧਰੂ ਤਾਰਾ ਹੈ, ਜਿਸ ਦੇ ਰਚੇ ਗੀਤਾਂ ਦੀ ਚਮਕ ਹਮੇਸ਼ਾਂ ਪੰਜਾਬੀਆਂ ਦੇ ਮਨਾਂ ਨੂੰ ਰੁਸ਼ਨਾਉਂਦੀ ਰਹੇਗੀ। ਉਸ ਦਾ ਜਨਮ ਮਾਤਾ ਹੁਕਮ ਦੇਵੀ ਅਤੇ ਪਿਤਾ ਬਿਸ਼ਨ ਸਿੰਘ ਦੇ ਗ੍ਰਹਿ ਵਿਖੇ ਪਿੰਡ ਨੂਰਪੁਰ, ਜ਼ਿਲ੍ਹਾ ਲਾਇਲਪੁਰ (ਪਾਕਿਸਤਾਨ) ਵਿੱਚ 1906 ਨੂੰ ਹੋਇਆ। ਉਨ੍ਹਾਂ ਖਾਲਸਾ ਹਾਈ ਸਕੂਲ ਲਾਇਲਪੁਰ ਤੋਂ ਦਸਵੀਂ ਕੀਤੀ। ਉਚੇਰੀ ਪੜ੍ਹਾਈ ਲਈ ਉਸ ਨੇ ਖ਼ਾਲਸਾ ਕਾਲਜ, ਲਾਇਲਪੁਰ ਵਿੱਚ ਦਾਖਲਾ ਲੈ ਲਿਆ। ਘਰ ਦੀ ਆਰਥਿਕ ਮੰਦਹਾਲੀ ਕਾਰਨ ਉਹ ਕਾਲਜ ਦੀ ਪੜ੍ਹਾਈ ਸਿਰੇ ਨਾ ਲਾ ਸਕਿਆ।

ਪੜ੍ਹਾਈ ਅੱਧਵਾਟੇ ਛੱਡ ਕੇ ਪਹਿਲਾਂ ਉਸ ਨੇ ਅਧਿਆਪਕ ਬਣ ਬੱਚਿਆਂ ਨੂੰ ਪੜ੍ਹਾਉਣਾ ਸ਼ੁਰੂ ਕਰ ਦਿੱਤਾ, ਪ੍ਰੰਤੂ ਕੁੱਝ ਸਮੇਂ ਬਾਅਦ ਅਧਿਆਪਕ ਦੀ ਨੌਕਰੀ ਛੱਡ ਕੇ ਉਹ ਬੀਕਾਨੇਰ (ਰਾਜਸਥਾਨ) ਵਿੱਚ ਚਲਾ ਗਿਆ। ਉੱਥੇ ਉਹ ਪੁਲੀਸ ਵਿੱਚ ਭਰਤੀ ਹੋ ਗਿਆ। ਇਸੇ ਸਮੇਂ ਉਸ ਦਾ ਵਿਆਹ ਸੁਮਿੱਤਰਾ ਦੇਵੀ ਨਾਲ ਹੋਇਆ। ਉਨ੍ਹਾਂ ਦੇ ਘਰ ਚਾਰ ਬੇਟੀਆਂ ਅਤੇ ਦੋ ਬੇਟਿਆਂ ਨੇ ਜਨਮ ਲਿਆ। ਸਾਹਿਤਕ ਅਤੇ ਸੰਗੀਤਕ ਰੁਚੀਆਂ ਹੋਣ ਕਾਰਨ ਪੁਲੀਸ ਦੀ ਨੌਕਰੀ ਵੀ ਉਸ ਨੂੰ ਰਾਸ ਨਾ ਆਈ। ਕੁੱਝ ਸਾਲ ਪੁਲੀਸ ਵਿਭਾਗ ਵਿੱਚ ਕੰਮ ਕਰਨ ਉਪਰੰਤ ਉਸ ਨੇ ਉਹ ਨੌਕਰੀ ਛੱਡ ਦਿੱਤੀ। 1940 ਵਿੱਚ ਉਸ ਨੇ ਪੰਜਾਬੀ ਫਿਲਮ 'ਮੰਗਤੀ' ਲਈ ਗੀਤ, ਕਹਾਣੀ ਅਤੇ ਸੰਵਾਦ ਲਿਖੇ ਜੋ ਬਹੁਤ ਮਕਬੂਲ ਹੋਏ। 'ਮੰਗਤੀ' ਫਿਲਮ ਦੇ ਇਨ੍ਹਾਂ ਗੀਤਾਂ ਅਤੇ ਸੰਵਾਦਾਂ ਨਾਲ ਉਸ ਦਾ ਨਾਂ ਪੂਰੇ ਪੰਜਾਬ ਵਿੱਚ ਪ੍ਰਸਿੱਧ ਹੋ ਗਿਆ। ਉਹ ਕੁੱਝ ਸਮੇਂ ਲਈ ਕੋਲੰਬੀਆ ਫਿਲਮ ਕੰਪਨੀ ਲਈ ਵੀ ਗੀਤ ਲਿਖਦਾ ਰਿਹਾ, ਪਰ 1947 ਵਿੱਚ ਦੇਸ਼ ਦੀ ਵੰਡ ਨੇ ਉਸ ਨੂੰ ਬਹੁਤ ਵੱਡੀ ਢਾਹ ਲਾਈ। ਹੋਰ ਲੋਕਾਂ ਨਾਲ ਉਹ ਵੀ ਆਪਣੀ ਜਨਮ ਭੂਮੀ ਛੱਡ ਕੇ ਜਲੰਧਰ ਆ ਗਿਆ। ਤੰਗੀਆਂ ਤੁਰਸ਼ੀਆਂ ਨਾਲ ਜੂਝਦਿਆਂ ਉਸ ਨੇ ਅਕਾਸ਼ਬਾਣੀ ਜਲੰਧਰ ਵਿਖੇ ਨੌਕਰੀ ਕਰ ਲਈ। ਇੱਥੇ ਹੀ ਉਸ ਨੇ ਕਵੀ ਦਰਬਾਰਾਂ ਵਿੱਚ ਭਾਗ ਲੈਣਾ ਸ਼ੁਰੂ ਕਰ

> ਸਮਾਜ ਵਿਚਲੀ ਆਰਥਿਕ ਕਾਣੀ ਵੰਡ, ਸਮਾਜਿਕ ਵਿਵਸਥਾ ਵਿਚਲੇ ਭੈੜ ਅਤੇ ਵਿਗਾੜ ਉਸ ਨੂੰ ਮਾਨਸਿਕ ਤੌਰ 'ਤੇ ਸਾਰੀ ਜ਼ਿੰਦਗੀ ਪਰੇਸ਼ਾਨ ਕਰਦੇ ਰਹੇ। ਉਸ ਵੱਲੋਂ ਲਿਖੇ ਬਹੁਤ ਉੱਚ ਪਾਏ ਦੇ ਗੀਤਾਂ ਦੇ ਬਾਵਜੂਦ ਜਦੋਂ ਉਹ ਗੁਰਬਤ ਭਰੀ ਜ਼ਿੰਦਗੀ ਵਿੱਚੋਂ ਬਾਹਰ ਨਾ ਨਿਕਲ ਸਕਿਆ ਤਾਂ ਅਤਿ ਦੀ ਗ਼ਰੀਬੀ ਦੀ ਹਾਲਤ ਵਿੱਚ ਉਸ ਨੇ 13 ਮਈ, 1966 ਨੂੰ ਖੂਹ ਵਿੱਚ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਕੇ ਆਪਣੀ ਜੀਵਨ ਲੀਲਾ ਖ਼ਤਮ ਕਰ ਦਿੱਤੀ

ਦਿੱਤਾ। ਇਨ੍ਹਾਂ ਸਾਰੇ ਹੀਲੇ ਵਸੀਲਿਆਂ ਦੇ ਬਾਵਜੂਦ ਉਸ ਦੀ ਆਰਥਿਕ ਮੰਦਹਾਲੀ ਜਿਉਂ ਦੀ ਤਿਉਂ ਬਣੀ ਰਹੀ।

ਬੇਸ਼ੱਕ ਨੂਰਪੁਰੀ ਨੇ ਔਰਤ ਅਤੇ ਮਰਦ ਦੋਵਾਂ ਲਈ ਗੀਤ ਰਚੇ ਹਨ, ਪਰ ਉਸ ਨੇ ਬਹੁਤੇ ਗੀਤ ਔਰਤਾਂ ਲਈ ਲਿਖੇ ਹਨ। ਜਿਨ੍ਹਾਂ ਵਿੱਚੋਂ 'ਬੱਲੇ ਨੀਂ ਪੰਜਾਬ ਦੀਏ ਸ਼ੇਰ ਬੱਚੀਏ', 'ਗੋਰੀ ਦੀਆਂ ਝਾਂਜਰਾਂ ਬੁਲਾਉਂਦੀਆਂ ਗਈਆਂ', 'ਚੰਨ ਵੇ ਕਿ ਸ਼ੌਂਕਣ ਮੇਲੇ ਦੀ', 'ਨੀਂ ਮੈਨੂੰ ਦਿਓਰ ਦੇ ਵਿਆਹ ਵਿੱਚ ਨੱਚ ਲੈਣ ਦੇ', 'ਜੁੱਤੀ ਕਸੂਰੀ ਪੈਰੀਂ ਨਾ ਪੂਰੀ', 'ਹਾਏ ਰੱਬਾ ਵੇ ਸਾਨੂੰ ਤੁਰਨਾ ਪਿਆ', 'ਕਿੱਥੇ ਮਾਤਾ ਤੋਰਿਆ ਅਜੀਤ ਤੇ ਜੁਝਾਰ ਨੂੰ', 'ਚੁੰਮ-ਚੁੰਮ ਰੱਖੋ ਨੀਂ ਇਹ ਕਲਗੀ ਜੁਝਾਰ ਦੀ', 'ਦਾਤੇ ਦੀਆਂ ਬੇਪਰਵਾਹੀਆਂ ਤੋਂ ਓਏ ਬੇਪਰਵਾਹਾ ਡਰਿਆ ਕਰ', 'ਓ ਦੁਨੀਆ ਦੇ ਬੰਦਿਓ ਪੂਜੋ, ਪੂਜੋ ਉਨ੍ਹਾਂ ਇਨਸਾਨਾਂ ਨੂੰ', 'ਏਥੋਂ ਉੱਡ ਜਾ ਭੋਲਿਆ ਪੰਛੀਆ ਵੇ ਤੂੰ ਆਪਣੀ ਜਾਨ ਬਚਾ', 'ਵੰਗਾਂ' ਆਦਿ ਪੰਜਾਬੀਆਂ ਦੇ ਬੁੱਲ੍ਹਾਂ 'ਤੇ ਇਉਂ ਚੜ੍ਹ ਗਏ ਸਨ, ਜਿਵੇਂ ਇਹ ਲੋਕ ਗੀਤ ਹੋਣ। ਨੰਦ ਲਾਲ ਨੂਰਪੁਰੀ ਦੇ ਰਚੇ ਗੀਤਾਂ ਨੂੰ ਗਾ ਕੇ ਪੰਜਾਬੀ ਦੇ ਬਹੁਤ ਸਾਰੇ ਕਲਾਕਾਰ ਅਮਰ ਹੋ ਗਏ ਹਨ, ਜਿਨ੍ਹਾਂ ਵਿੱਚੋਂ ਸੁਰਿੰਦਰ ਕੌਰ, ਪ੍ਰਕਾਸ਼ ਕੌਰ, ਆਸਾ ਸਿੰਘ ਮਸਤਾਨਾ, ਹਰਚਰਨ ਗਰੇਵਾਲ ਆਦਿ ਦੇ ਨਾਂ ਵਿਸ਼ੇਸ਼ ਤੌਰ 'ਤੇ ਵਰਣਨਯੋਗ ਹਨ।

ਨੰਦ ਲਾਲ ਨੂਰਪੁਰੀ ਸਾਰੀ ਜ਼ਿੰਦਗੀ ਇਨਾਮਾਂ ਸਨਮਾਨਾਂ ਦੇ ਪਿੱਛੇ ਨਹੀਂ ਗਿਆ। ਨਾ ਹੀ ਉਸ ਨੇ ਆਪਣੇ ਰਚੇ ਗੀਤਾਂ 'ਤੇ ਗੋਸ਼ਟੀਆਂ ਕਰਵਾਉਣ ਲਈ ਹੱਥ ਪੈਰ ਮਾਰੇ। ਨਾ ਹੀ ਉਸ ਨੇ ਆਪਣੇ ਗੀਤਾਂ 'ਤੇ ਯੂਨੀਵਰਸਿਟੀਆਂ ਵਿੱਚ ਖੋਜ ਕਾਰਜ ਕਰਵਾਉਣ ਲਈ ਕਿਸੇ ਅੱਗੇ ਹੱਥ ਬੰਨ੍ਹੇ। ਉਹ ਭਾਵੇਂ ਸਾਰੀ ਉਮਰ ਤੰਗੀਆਂ ਤੁਰਸ਼ੀਆਂ, ਥੁੜ੍ਹਾਂ ਅਤੇ ਝੋਰਿਆਂ ਭਰਿਆ ਜੀਵਨ ਜਿਊਂਦਾ ਰਿਹਾ, ਪ੍ਰੰਤੂ ਉਸ ਦੇ ਰਚੇ ਗੀਤਾਂ ਵਿਚਲੇ ਨੌਜਵਾਨ ਅਤੇ ਮੁਟਿਆਰਾਂ ਸਰੀਰਕ, ਮਾਨਸਿਕ, ਬੌਧਿਕ ਅਤੇ ਉੱਚੀਆਂ ਨੈਤਿਕ ਕਦਰਾਂ ਕੀਮਤਾਂ ਅਤੇ ਭਾਵਨਾਵਾਂ ਨਾਲ ਓਤ ਪੋਤ ਰਹੇ ਹਨ। ਉਸ ਦੇ ਰਚੇ ਗੀਤਾਂ ਦੀਆਂ ਕਈ ਪੁਸਤਕਾਂ ਪੰਜਾਬੀਆਂ ਨੇ ਬੜੀ ਰੀਝ ਨਾਲ ਪੜ੍ਹੀਆਂ ਹਨ। ਜਿਨ੍ਹਾਂ ਵਿੱਚੋਂ 'ਵੰਗਾਂ', 'ਜਿਊਂਦਾ ਪੰਜਾਬ', 'ਮਿਲੀ ਜੁਲੀ ਕਵਿਤਾ' ਅਤੇ 'ਆਡੀਓ ਕਵਿਤਾ' ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਜਾ ਸਕਦਾ ਹੈ।

ਸਮਾਜ ਵਿਚਲੀ ਆਰਥਿਕ ਕਾਣੀ ਵੰਡ, ਸਮਾਜਿਕ ਵਿਵਸਥਾ ਵਿਚਲੇ ਭੈੜ ਅਤੇ ਵਿਗਾੜ ਉਸ ਨੂੰ ਮਾਨਸਿਕ ਤੌਰ 'ਤੇ ਸਾਰੀ ਜ਼ਿੰਦਗੀ ਪਰੇਸ਼ਾਨ ਕਰਦੇ ਰਹੇ। ਉਸ ਵੱਲੋਂ ਲਿਖੇ ਬਹੁਤ ਉੱਚ ਪਾਏ ਦੇ ਗੀਤਾਂ ਦੇ ਬਾਵਜੂਦ ਜਦੋਂ ਉਹ ਗੁਰਬਤ ਭਰੀ ਜ਼ਿੰਦਗੀ ਵਿੱਚੋਂ ਬਾਹਰ ਨਾ ਨਿਕਲ ਸਕਿਆ ਤਾਂ ਅਤਿ ਦੀ ਗ਼ਰੀਬੀ ਦੀ ਹਾਲਤ ਵਿੱਚ ਉਸ ਨੇ 13 ਮਈ, 1966 ਨੂੰ ਖੂਹ ਵਿੱਚ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਕੇ ਆਪਣੀ ਜੀਵਨ ਲੀਲਾ ਖ਼ਤਮ ਕਰ ਦਿੱਤੀ। ਨੰਦ ਲਾਲ ਨੂਰਪੁਰੀ ਦੀ ਮੌਤ ਉਪਰੰਤ ਕੁੱਝ ਵਿਦਵਾਨਾਂ, ਕਵੀਆਂ ਅਤੇ ਕਵੀਸ਼ਰਾਂ ਨੇ ਮਿਲ ਕੇ 'ਨੰਦ ਲਾਲ ਨੂਰਪੁਰੀ ਸੁਸਾਇਟੀ' ਬਣਾਈ। ਇਸ ਦਾ ਮੁੱਖ ਉਦੇਸ਼ ਨੂਰਪੁਰੀ ਦੀ ਵਿਚਾਰਧਾਰਾ ਨੂੰ ਸਾਰੇ ਸਮਾਜ ਵਿੱਚ ਲੈ ਕੇ ਆਉਣਾ ਮਿੱਥਿਆ ਗਿਆ ਹੈ। ਇਸ ਦੇ ਨਾਲ ਹੀ ਸੁਸਾਇਟੀ ਹਰ ਸਾਲ ਕਿਸੇ ਇੱਕ ਕਲਾਕਾਰ ਨੂੰ ਸਨਮਾਨ ਦੇ ਕੇ ਉਸ ਦਾ ਮਾਣ ਵਧਾਉਂਦੀ ਆ ਰਹੀ ਹੈ।

ਸੰਪਰਕ: 84276-85020

# ਪ੍ਰਵਾਸੀ ਕਵੀ ਕਰਮ ਸਿੰਘ ਕਰਮ ਦੀਆਂ ਦੋ ਕਵਿਤਾਵਾਂ





## ਹੈ ਡੋਰੀ ਹੱਥ ਵਿੱਚ ਤੇਰੇ

ਹੈ ਡੋਰੀ ਹੱਥ ਵਿੱਚ ਤੇਰੇ, ਅਸੀਂ ਤੇਰੇ ਈ ਦਾਤਾ ਬੰਦੇ ਆਂ
ਤੂੰ ਰੱਖਲੈ ਜਿਵੇਂ ਵੀ ਰੱਖਣੈ, ਅਸੀਂ ਚੰਗੇ ਆਂ ਜਾਂ ਮੰਦੇ ਆਂ
ਚੰਗੇ ਆਂ ਜਾਂ ਮੰਦੇ ਆਂ, ਅਸੀਂ ਤੇਰੇ ਈ ਦਾਤਾ ਬੰਦੇ ਆਂ
ਸਦਾ ਹੁਕਮ ਤੇਰੇ ਵਿੱਚ ਰਹਿੰਦੇ ਆਂ,
ਤੈਨੂੰ ਧਿਆਉਂਦੇ ਉੱਠਦੇ ਬਹਿੰਦੇ ਆਂ,
ਤੂੰ ਜੋ ਵੀ ਕਾਰ ਕਰਾਉਂਦੈਂ, ਅਸੀਂ ਉਹੀ ਕਰਦੇ ਧੰਦ੍ਹੇ ਆਂ
ਤੂੰ ਰੱਖਲੈ ਜਿਵੇਂ ਵੀ ਰੱਖਣੈ...............................
ਤੂੰ ਕਣ ਕਣ ਵਿੱਚ ਸਮਾਇਆ ਏਂ,
ਤੇ ਸਭ ਦਾ ਹੀ ਹਮਸਾਇਆ ਏਂ,
ਤੇਰੇ ਲਈ ਦੂਜਾ ਕੋਈ ਨਹੀਂ, ਤੇਰੇ ਹੀ ਰੰਗ'ਚ ਰੰਗੇ ਆਂ
ਤੂੰ ਰੱਖ ਲੈ ਜਿਵੇਂ ਵੀ ਰੱਖਣੈ...............................
ਤੂੰ ਸਭ ਦਾ ਈ ਰਖਵਾਲਾ ਏਂ,
ਅੱਲਾ, ਰਾਮ, ਗੁਰੂ ਗੋਪਾਲਾ ਏਂ,
ਅਸੀਂ ਮੱਤਹੀਣ ਹੰਕਾਰੀ ਆਂ, ਐਵੇਂ ਵਾਧੂ ਵੈਰ ਵਧੰਦੇ ਆਂ
ਤੂੰ ਰੱਖ ਲੈ ਜਿਵੇਂ ਵੀ ਰੱਖਣੈ...............................
ਜਿੱਥੇ ਭੇਜੇਂ ਉੱਥੇ ਜਾਂਦੇ ਆਂ,
ਜੋ ਦੇਵੇਂ ਉਹ ਹੀ ਖਾਂਦੇ ਆਂ,
ਜਿੱਥੇ ਆਖੇਂ ਬੈਠਣ ਲਈ, ਅਸੀਂ ਉੱਥੇ ਈ ਜਾ ਬਹਿੰਦੇ ਆਂ
ਤੂੰ ਰੱਖਲੈ ਜਿਵੇਂ ਵੀ ਰੱਖਣੈ...............................
ਨਾ ਬੁਰਾ ਕਿਸੇ ਦਾ ਕਰਦੇ ਆਂ,
ਇੱਕ ਤੈਥੋਂ ਈਂ ਦਾਤਾ ਡਰਦੇ ਆਂ,
ਇਹੀ ਕਰਮ' ਦੇ ਮੂੰਹੋਂ ਸੁਣਿਐ, ਅਸੀਂ ਏਸੇ ਤ੍ਹਾਂ ਵਸੰਦੇ ਆਂ
ਤੂੰ ਰੱਖਲੈ ਜਿਵੇਂ ਵੀ ਰੱਖਣੈ, ਅਸੀਂ ਚੰਗੇ ਆਂ ਜਾਂ ਮੰਦੇ ਆਂ
ਹੈ ਡੋਰੀ ਹੱਥ ਵਿੱਚ ਤੇਰੇ, ਅਸੀ ਤੇਰੇ ਈ ਦਾਤਾ ਬੰਦੇ ਆਂ
ਚੰਗੇ ਆਂ ਜਾਂ ਮੰਦੇ ਆਂ.........................

## ਬੀਬੇ ਰਾਣੇ ਲੋਕ

ਲੋਕਾਂ ਦੇ ਨਾਲ ਮਾਰਨ ਠੱਗੀਆਂ, ਬਣਕੇ ਬੀਬੇ ਰਾਣੇ ਲੋਕ।
ਝੂਠ ਨੂੰ ਸੱਚ ਬਣਾਵਣ ਵਾਲੇ, ਜਾਨਣ ਕਿਵੇਂ ਫਸਾਣੇ ਲੋਕ।
ਲੋਕਾਂ ਨੂੰ ਉਲਝਾ ਲੈਂਦੇ ਨੇ, ਤਣ ਤਣ ਆਪਣੇ ਤਾਣੇ ਲੋਕ।
ਪਾ ਲੈਂਦੇ ਪਹਿਰਾਵਾ ਐਸਾ,ਜਿਸ ਤੋਂ ਦਿਸਣ ਸਿਆਣੇ ਲੋਕ।
ਗੁਰ ਪੀਰਾਂ ਦੀ ਗੱਲ ਨਾ ਮੰਨਦੇ, ਪਾਉਂਦੇ ਰੋਜ ਕਹਾਣੇ ਲੋਕ।
ਨਿੱਜ ਮੱਤ ਨਾਲ ਧਰਮ ਚਲਾਉਂਦੇ,ਪਾਕੇ ਧਰਮੀਂ ਬਾਣੇ ਲੋਕ।
ਪਤੈ ਉਪਜੇ ਇਕ ਨੂਰ ਤੋਂ, ਫਿਰ ਵੀ ਕਹਿਣ ਫਲਾਣੇ ਲੋਕ।
ਜ਼ਾਤਾਂ ਵਿੱਚ ਹੀ ਉਲਝੇ ਫਿਰਦੇ, ਮਿੱਟੀ ਵਿੱਚ ਸਮਾਣੇ ਲੋਕ।
ਸ਼ਕਤੀਵਾਨ ਕਹਾਉਂਦੇ ਜਿਹੜੇ,ਉਹ ਨੇ ਅਸਲ ਨਿਤਾਣੇ ਲੋਕ।
ਦੂਜਿਆਂ ਦੇ ਵਿੱਚ ਨੁਕਸ ਕੱਢਦੇ, ਆਪਣੇ ਰੱਖ ਸਰਾ੍ਹਣੇ ਲੋਕ।
ਦੇ ਕੇ ਲਾਲਚ ਲਾਲਚੀਆਂ ਨੂੰ , ਕਰਨ ਉਨ੍ਹਾਂ ਨੂੰ ਕਾਣੇ ਲੋਕ।
ਉਹ ਵੀ ਦੂਜੀ ਅੱਖ ਨਾ ਖੋਲ੍ਹਣ,ਲੋਭ ਵਿੱਚ ਮਰ ਜਾਣੇ ਲੋਕ।
ਲੋਕਾਂ ਨੂੰ ਵਿੱਚ ਰੱਖਣ ਭੁਲੇਖੇ, ਦੱਸ ਦੱਸ ਵੱਡੇ ਘਰਾਣੇ ਲੋਕ।
ਵਿੱਚ ਆਕੜ ਦੇ ਫਿਰਨ ਭੂਤਰੇ, ਦੂਜਿਆਂ ਤੋਂ ਅਣਜਾਣੇ ਲੋਕ।
ਜਦੋਂ ਓਸ ਦੀ ਪੈਂਦੀ ਲਾਠੀ,ਆ ਜਾਂਦੇ ਸਹੀ ਟਿਕਾਣੇ ਲੋਕ।
ਨਾਲ ਮਾਣ ਦੇ ਰਹਿੰਦੇ ਉਹ,ਜੋ ਬਣਕੇ ਰਹਿਣ ਨਿਮਾਣੇ ਲੋਕ।
ਬਣਕੇ ਮਿੱਤਰ ਕਰਨ ਜੋ ਧੋਖ੍ਹਾ, ਜਾਂਦੇ ਅੰਤ ਪਛਾਣੇ ਲੋਕ।
ਸ਼ਾਨ ਤੋਂ ਉਹ ਵਾਂਝੇ ਹੁੰਦੇ,ਜੋ ਟਿਕਣ ਨਾ ਇੱਕ ਠਿਕਾਣੇ ਲੋਕ।
ਵਿੱਚ ਮਨੁੱਖਤਾ ਪਾਉਂਦੇ ਵੰਡੀਆਂ, ਹੁੰਦੇ ਉਹ ਬੇ-ਮਾਣੇ ਲੋਕ।
ਧੱਕੇ ਨਾਲ ਮਨਾਵਣ ਗੱਲਾਂ, ਕਹਿਣ ਅਸੀਂ ਸਮਝ੍ਹਾਣੇ ਲੋਕ।
ਸੱਚ ਦੇ ਰਸਤੇ ਚੱਲਣ ਵਾਲੇ, ਹੁੰਦੇ ਨਹੀਂਓਂ ਨਿਆਣੇ ਲੋਕ।
'ਕਰਮ' ਨੇਕੀਆਂ ਕਰਦੇ ਜਿਹੜੇ , ਉਹੀਓ ਬੀਬੇ ਰਾਣੇ ਲੋਕ।

## ਦੋ ਗ਼ਜ਼ਲਾਂ

ਘਰ ਦੀ ਵਲ਼ਗਣ ਵਿੱਚੋਂ ਬਾਹਰ, ਚੌਰਾਹੇ ਵਿਚ ਆ ਕੇ ਵੇਖ
ਜੀਵਨ ਦਾ ਅਸਲੀ ਰਣਖੇਤਰ, ਚੌਰਾਹੇ ਵਿਚ ਆ ਕੇ ਵੇਖ
ਨਵਯੁਗ ਦੀ ਰਫ਼ਤਾਰ 'ਚ ਸ਼ਾਮਿਲ ਵੀ ਹੈ; ਐਪਰ, ਦਿਸਦਾ ਹੈ
ਖ਼ੌਫ਼ਜ਼ਦਾ ਹਰ ਨਾਰੀ ਤੇ ਨਰ, ਚੌਰਾਹੇ ਵਿਚ ਆ ਕੇ ਵੇਖ
ਸਾਦਾ, ਸੁੰਦਰ, ਸਾਧਨ-ਸੰਪੰਨ ਸਭਿਆਚਾਰ ਸੁਹਜ-ਭਰਪੂਰ
ਹੁੰਦੈ ਇਸ ਦਾ ਕਿੰਵ ਨਿਰਾਦਰ, ਚੌਰਾਹੇ ਵਿਚ ਆ ਕੇ ਵੇਖ
ਮੰਡੀ ਵਿਚ ਹਰ ਚੀਜ਼ ਮੁਹੱਈਆ, ਭਾਵੇਂ ਦੇਹੀ ਅਤੇ ਜ਼ਮੀਰ
ਅਪਣਾ ਕ਼ਾਤਿਲ ਆਪ ਚਰਿੱਤਰ, ਚੌਰਾਹੇ ਵਿਚ ਆ ਕੇ ਵੇਖ
ਹਉਮੈ ਦੇ ਅਦ੍ਰਿਸ਼ ਸਿੰਗਾਂ ਨੂੰ, ਚੁੱਕੀਂ ਫਿਰਦੈ, ਭੂਸਰਿਆ
ਬੰਦਾ ਬਣਿਆ ਫਿਰਦੈ ਡੰਗਰ, ਚੌਰਾਹੇ ਵਿਚ ਆ ਕੇ ਵੇਖ
ਕਿਹੜੀ ਨਜ਼ਰੋਂ ਤੱਕਦੈ ਕਿਸਨੂੰ, ਕੋਈ ਕੀ ਕਹਿ ਸਕਦਾ ਹੈ
ਹਰ ਰਿਸ਼ਤਾ ਹੋਇਆ ਨਿਰਵੱਸਤਰ, ਚੌਰਾਹੇ ਵਿਚ ਆ ਕੇ ਵੇਖ
ਪੜ੍ਹਿਆ-ਲਿਖਿਆ ਹੋਣਾ ਚੰਗੈ, ਚੰਗਿਆਈ ਦੀ ਸ਼ਰਤ ਨਹੀਂ
ਕਿੰਨਾ ਚੰਗਾ ਹੈ ਨਿਰਅੱਖਰ, ਚੌਰਾਹੇ ਵਿਚ ਆ ਕੇ ਵੇਖ
ਹਰ ਹਾਲਤ ਤੋਂ ਜਾਣੂੰ ਹੋਣਾ, 'ਸ਼ੈਦਾ' ਬੜਾ ਜ਼ਰੂਰੀ ਹੈ
ਨਿੱਕਲ ਘਰ ਤੋਂ ਬਾਹਰ ਮਿੱਤਰ, ਚੌਰਾਹੇ ਵਿਚ ਆ ਕੇ ਵੇਖ



**-ਅੰਮ੍ਰਿਤਪਾਲ ਸਿੰਘ ਸ਼ੈਦਾ**
**(ਮੋਬ: 98552-32575)**

*****

ਭਾਵੇਂ ਗੰਧਲੀ ਹੁੰਦੀ ਜਾਂਦੀ ਅੱਜਕਲ੍ਹ ਮਨ ਦੀ ਵੇਈਂ
ਸ਼ਬਦਾਂ ਦੀ ਸਿੱਖਿਆ ਨੇ ਕਰਨੀ ਨਿਰਮਲ ਮਨ ਦੀ ਵੇਈਂ
ਲੋਭ ਵਿਕਾਰਾਂ ਦੀ ਕਾਈ ਤੋਂ ਮਿਲ ਜਾਊ ਛੁਟਕਾਰਾ
ਜਦ ਸਿਮਰਨ ਦੇ ਸੰਗ ਵਹੇਗੀ ਕਲ਼ਕਲ਼ ਮਨ ਦੀ ਵੇਈਂ
ਬੂੰਦ ਬੂੰਦ ਨੂੰ ਸੁੱਚਾ ਰੱਖਣਾ ਧਰਮ ਹੈ ਤੇਰਾ ਮਾਨਵ
ਰੁਲ਼-ਖੁਲ਼ ਜਾਵੇ ਨਾ ਕਿਧਰੇ ਵਿਚ ਭਵਜਲ ਮਨ ਦੀ ਵੇਈਂ
ਅਪਣੇ ਹੀ ਕੰਢੇ ਨਾ ਕਿਧਰੇ ਖੋਰੇ ਇਸ ਦੀ ਧਾਰਾ
ਵਹਿੰਦੀ ਵਹਿੰਦੀ ਹੋ ਨਾ ਜਾਵੇ ਚੰਚਲ ਮਨ ਦੀ ਵੇਈਂ
ਕਾਦਰ ਦੀ ਕੁਦਰਤ ਵਿਚ ਰਹਿੰਦੇ ਹੋਏ ਭਾਣਾ ਮੰਨੇ
ਸਹਿਜੇ ਸਹਿਜੇ ਵਗਦੀ ਜਾਵੇ ਪਲ਼ ਪਲ਼ ਮਨ ਦੀ ਵੇਈਂ
ਸੱਚੇ ਮਾਰਗ ਤੁਰਦੈ ਜੋ ਗੁਰੂ ਨਾਨਕ ਦੀ ਫੜ ਉਂਗਲ
ਉਸਦੀ ਰਹਿੰਦੀ ਪਾਕਿ-ਪਵਿੱਤਰ ਨਿਰਛਲ ਮਨ ਦੀ ਵੇਈਂ
ਚੌਗਿਰਦੇ ਦੇ ਕੂੜ ਨੇ ਜੇਕਰ ਮਨ ਵਿਚ ਕੂੜ ਹੀ ਭਰਨੈ
'ਅਨਜਾਨੇ' ਤਦ ਮਰਦੀ ਜਾਊ ਹਰ ਪਲ਼ ਮਨ ਦੀ ਵੇਈਂ



**ਤੇਜਿੰਦਰ ਸਿੰਘ ਅਨਜਾਨਾ**
**(ਮੋਬ: 94179-38047)**

# ਗੁਰੂ ਅਰਜਨ ਦੇਵ ਜੀ ਜੀਵਨ ਤੇ ਸ਼ਹਾਦਤ



ਸਫ਼ਾ 5 ਦੀ ਬਾਕੀ

ਅਰਜਨ ਪਾਤਸ਼ਾਹ ਛੋਟੇ ਸਨ। ਉਹ ਗੁਰੂ ਰਾਮਦਾਸ ਜੀ ਨੂੰ ਜਾਣ ਲਈ ਨਾਂਹ ਨਾ ਕਰ ਸਕੇ ਤੇ ਨੇਤਰਾਂ ਵਿਚ ਅੱਥਰੂ ਆ ਗਏ-ਪਰ ਕਹਿਣ ਲੱਗੇ ਕਿ ਤੁਹਾਡੇ ਦਰਸ਼ਨਾਂ ਤੋਂ ਬਿਨਾਂ ਮੇਰਾ ਜਿਊਣਾ ਔਖਾ ਹੈ:

''ਜਿਉ ਮਛੁਲੀ ਬਿਨੁ ਪਾਣੀਐ, ਕਿਉ ਜੀਵਣੁ ਪਾਵੈ।'' (ਪੰਨਾ 708)

ਗੁਰੂ ਰਾਮਦਾਸ ਜੀ ਨੇ ਇਨ੍ਹਾਂ ਨੂੰ ਹੋਰ ਆਗਿਆ ਕੀਤੀ ਕਿ ਉਥੇ ਰਹਿ ਕੇ ਸਤਿਸੰਗ ਕਰਨਾ ਹੈ ਤੇ ਤੀਜੀ ਗੱਲ ਹੈ ਕਿ ਜਦ ਤਕ ਅਸੀ ਨਾ ਬੁਲਾਈਏ, ਤਦ ਤਕ ਵਾਪਸ ਨਹੀਂ ਆਉਣਾ। ਸੋ ਇਸੇ ਤਰ੍ਹਾਂ ਹੁਕਮਾਂ ਦੀ ਤਾਮੀਲ ਹੋਈ। ਅਰਜਨ ਦੇਵ ਜੀ ਨੂੰ ਉਡੀਕਦੇ-ਉਡੀਕਦੇ ਇਕ ਸਾਲ ਹੋ ਗਿਆ। ਆਪ ਜੀ ਨੇ ਪਿਤਾ ਗੁਰੂ ਰਾਮਦਾਸ ਜੀ ਨੂੰ ਦੋ ਚਿਠੀਆਂ ਲਿਖ ਕੇ ਭੇਜੀਆਂ, ਜਿਹੜੀਆਂ ਪ੍ਰਿਥੀ ਚੰਦ ਨੇ ਰੱਖ ਲਈਆਂ ਤੇ ਗੁਰੂ ਰਾਮਦਾਸ ਤਕ ਪਹੁੰਚਣ ਹੀ ਨਾ ਦਿਤੀਆਂ। ਤੀਜੀ ਚਿੱਠੀ ਦੇ ਕੇ ਸਿੱਖ ਨੂੰ ਤਾਕੀਦ ਕੀਤੀ ਕਿ ਖ਼ੁਦ ਗੁਰੂ ਰਾਮਦਾਸ ਜੀ ਨੂੰ ਚਿੱਠੀ ਦੇਣੀ ਹੈ। ਬਿਰਹੋ ਦੀ ਹਾਲਤ ਨੂੰ ਚੌਥੇ ਪਾਤਸ਼ਾਹ ਨੇ ਵਾਚਿਆ :

ਇਕ ਘੜੀ ਨਾ ਮਿਲਤੇ ਤਾਂ ਕਲਜੁਗੁ ਹੋਤਾ। ਹੁਣਿ ਕਦਿ ਮਿਲੀਐ ਪ੍ਰਿਅ ਤੁਧੁ ਭਗਵੰਤਾ। (ਪੰਨਾ 97)

ਚੌਥੇ ਪਾਤਸ਼ਾਹ ਗੁਰੂ ਰਾਮਦਾਸ ਜੀ ਨੇ ਇਹ ਮਹਿਸੂਸ ਕੀਤਾ ਕਿ ਗੁਰਗੱਦੀ ਦਾ ਭਾਰ ਤਾਂ ਉਹੀ ਸੰਭਾਲ ਸਕਦਾ ਹੈ ਜਿਸ ਵਿਚ ਧੀਰਜ ਤੇ ਨਿਮਰਤਾ ਹੋਵੇ। ਬਾਬਾ ਬੁੱਢਾ ਜੀ, ਪੰਜ ਸਿੱਖਾਂ ਨੂੰ ਨਾਲ ਲੈ ਕੇ ਲਾਹੌਰ ਤੋਂ ਅਰਜਨ ਦੇਵ ਜੀ ਨੂੰ ਲੈ ਆਏ ਤੇ ਸਿੱਖੀ ਮਰਯਾਦਾ ਅਨਸਾਰ ਉਨ੍ਹਾਂ ਨੂੰ ਤਿਲਕ ਲਗਾਇਆ। ਕੇਵਲ ਦੋ ਦਿਨ ਗੁਰੂ ਰਾਮਦਾਸ ਜੀ, ਅੰਮ੍ਰਿਤਸਰ ਰਹਿ ਕੇ ਤੀਜੇ ਦਿਨ ਗੁਰੂ ਅਰਜਨ ਦੇਵ ਜੀ ਨਾਲ ਗੋਇੰਦਵਾਲ ਸਾਹਿਬ ਆ ਗਏ ਤੇ ਫਿਰ ਉਸੇ ਦਿਲ ਉਥੇ ਜੋਤੀ ਜੋਤ ਸਮਾ ਗਏ।

ਗੁਰੂ ਅਰਜਨ ਸਾਹਿਬ ਦੇ ਵੱਡੇ ਭਰਾ ਪ੍ਰਿਥੀ ਚੰਦ ਵਲੋਂ ਰਜਵੀਂ ਵਿਰੋਧਤਾ ਹੋਈ ਪਰ ਆਪ ਸ਼ਾਂਤ ਸੁਭਾਅ ਵਾਲੇ ਪੂਰੀ ਨਿਮਰਤਾ ਵਿਚ ਰਹੇ। ਸ੍ਰੀ ਹਰਿਮੰਦਰ ਸਾਹਿਬ ਵਿਚ 1604 ਈਸਵੀ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸੰਪਾਦਨ ਸਪੰਨ ਹੋ ਗਿਆ ਤੇ ਹਰਿਮੰਦਰ ਸਾਹਿਬ ਵਿਚ ਪ੍ਰਕਾਸ਼ ਮਾਨ ਹੋਇਆ। ਗੁਰੂ ਗ੍ਰੰਥ ਸਾਹਿਬ ਵਿਚ ਸਿੱਖ ਗੁਰੂ ਸਾਹਿਬਾਨ, ਹਿੰਦੂ ਭਗਤਾਂ ਤੇ ਮੁਸਲਮਾਨ ਫ਼ਕੀਰਾਂ ਦੀ ਰਚਨਾ ਨੂੰ ਸੰਮਿਲਤ ਕਰਨਾ ਲੋਕਾਂ ਲਈ ਅਜੀਬ ਘਟਨਾ ਸੀ। ਪੰਜਵੇਂ ਗੁਰੂ ਸਾਹਿਬ ਨੇ ਆਪ ਰੱਬੀ ਪਿਆਰ ਵਿਚ ਮਖ਼ਮੂਰ ਰਹਿੰਦੇ ਸਨ, ਜਿਹੜੀ ਗੱਲ ਬਾਣੀ ਵਿਚੋਂ ਭਲੀ ਭਾਂਤ ਪ੍ਰਗਟ ਹੁੰਦੀ ਹੈ।

ਭਾਈ ਗੁਰਦਾਸ ਜੀ ਨੇ ਆਪ ਜੀ ਦੀ ਸ਼ਖ਼ਸੀਅਤ ਨੂੰ ਇਸ ਤਰ੍ਹਾਂ ਬਿਆਨ ਕੀਤਾ ਹੈ:

ਰਹਿੰਦੇ ਗੁਰ ਦਰੀਆਉ ਵਿਚ ਮੀਨ ਕੁਲੀਨ ਹੇਤੁ ਨਿਰਬਾਣੀ।

ਦਰਸ਼ਨ ਦੇਖ ਪਤੰਗ ਜਿਉਂ ਜੋਤੀ ਅੰਦਰ ਜੋਤਿ ਸਮਾਣੀ। (ਪੰਨਾ 430)

1430 ਅੰਗਾਂ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਪਹਿਲੇ 5 ਗੁਰੂ ਸਾਹਿਬਾਨ ਦੀ ਬਾਣੀ ਤੋਂ ਬਿਨਾਂ ਹਿੰਦੁਸਤਾਨ ਦੇ ਵੱਖ-ਵੱਖ ਸੂਬਿਆਂ ਵਿਚੋਂ 15 ਭਗਤਾਂ ਸੰਤਾਂ, ਸੂਫ਼ੀ ਫ਼ਕੀਰਾਂ ਤੇ 11 ਭੱਟਾਂ ਦੀ ਰਚਨਾ ਵੱਖ-ਵੱਖ ਰਾਗਾਂ ਵਿਚ ਸੰਮਿਲਤ ਕਰ ਕੇ ਸਰਬ ਮਨੁੱਖਤਾ ਦੇ ਸਾਡੇ ਧਾਰਮਕ ਗ੍ਰੰਥ ਸਾਹਿਬ ਨੂੰ ਹਰਿਮੰਦਰ ਸਾਹਿਬ ਵਿਚ ਪ੍ਰਕਾਸ਼ਮਾਨ ਕੀਤਾ ਹੈ। ਮਨੁੱਖੀ ਭਾਈਚਾਰੇ ਦੀ ਬਰਾਬਰੀ, ਸਾਂਝੀਵਾਲਤਾ ਤੇ ਪ੍ਰਸਪਰ ਪਿਆਰ ਦੀ ਵਜ੍ਹਾ ਕਰ ਕੇ ਹਿੰਦੂ ਭਾਈਚਾਰੇ ਵਿਚ ਸਾਂਝ ਲਿਆਂਦੀ ਤੇ ਮੁਸਲਿਮ ਭਾਈਚਾਰੇ ਨਾਲ ਨਫ਼ਰਤ ਘਟੀ। ਸੂਫ਼ੀ ਫ਼ਕੀਰ ਹਜ਼ਰਤ ਮੀਆਂ ਮੀਰ ਨੇ ਹਰਿਮੰਦਰ ਸਾਹਿਬ ਦੀ ਨੀਂਹ ਰੱਖ ਕੇ ਇਸ ਸਾਂਝੀਵਾਲਤਾ ਨੂੰ ਹੋਰ ਪਰਪੱਕ ਕੀਤਾ। ਪਰ ਸਾਂਝੀਵਾਲਤਾ ਦੀ ਇਹ ਲਹਿਰ ਵਕਤ ਦੇ ਹਾਕਮਾਂ ਨੂੰ ਰੜਕਣ ਲੱਗ ਪਈ।

ਮੌਲਵੀਆਂ ਤੇ ਕਾਜ਼ੀਆਂ ਨੇ ਜੋ ਇਸਲਾਮ ਦਾ ਬੋਲਬਾਲ ਚਾਹੁੰਦੇ ਸਨ, ਉਨ੍ਹਾਂ ਨੂੰ ਅਕਬਰ ਦੀ ਉਦਾਰਵਾਦੀ ਨੀਤੀ ਬਿਲਕੁਲ ਪਸੰਦ ਨਹੀਂ ਸੀ ਤੇ ਉਹ ਸ਼ਹਿਜ਼ਾਦਾ ਖ਼ੁਸਰੋ ਨੂੰ ਵੀ ਪਸੰਦ ਨਹੀਂ ਕਰਦੇ ਸਨ। ਗੁਰੂ ਅਰਜਨ ਸਾਹਿਬ ਉਪਰ ਖ਼ੁਸਰੋ ਦੀ ਮਦਦ ਦਾ ਇਲਜ਼ਾਮ ਲਗਾਇਆ ਗਿਆ ਤੇ ਇਹ ਸਾਜ਼ਸ਼ ਘੜੀ ਗਈ ਕਿ ਗੁਰੂ ਅਰਜਨ ਸਾਹਿਬ ਨੇ ਸ਼ਹਿਜ਼ਾਦਾ ਖ਼ੁਸਰੋ ਨੂੰ ਪਨਾਹ ਦਿਤੀ ਤੇ ਉਸ ਦੀਆਂ ਫ਼ੌਜਾਂ ਨੂੰ ਲੰਗਰ ਛਕਾਇਆ ਹੈ। ਅਕਬਰ ਦੇ ਰਾਜ ਵਿਚ ਵੀ ਸ਼ਿਕਾਇਤਾਂ ਹੁੰਦੀਆਂ ਰਹੀਆਂ ਕਿ ਗੁਰੂ ਗ੍ਰੰਥ ਸਾਹਿਬ ਵਿਚ ਪੀਰਾਂ, ਪੈਗ਼ੰਬਰਾਂ, ਸ਼ਸਤਰਾਂ ਤੇ ਕੁਰਾਨ ਸ਼ਰੀਫ਼ ਦੀ ਨਿੰਦਿਆ ਕੀਤੀ ਗਈ ਹੈ।

ਬਾਦਸ਼ਾਹ ਨੇ ਪਵਿੱਤਰ ਬਾਣੀ ਸੁਣ ਕੇ ਸੋਨੇ ਦੀਆਂ ਮੋਹਰਾਂ ਭੇਟ ਕੀਤੀਆਂ ਸਨ। ਪਰ ਜਹਾਂਗੀਰ ਦੇ ਰਾਜ ਵਿਚ ਹਾਲਾਤ ਵਖਰੇ ਸਨ ਤੇ ਉਸ ਦੇ ਮਨ ਵਿਚ ਗੁਰੂ ਘਰ ਲਈ ਵਿਰੋਧ ਵੱਧ ਰਿਹਾ ਸੀ। ਇਨ੍ਹਾਂ ਚੁਗ਼ਲਖੋਰਾਂ ਵਿਚ ਪ੍ਰਿਥੀ ਚੰਦ, ਚੰਦੂ ਸ਼ਾਹ, ਸ਼ੇਖ਼ ਮੁਜੱਦਦ ਅਲਫ਼ਸਾਨੀ ਤੇ ਸ਼ੇਖ਼ ਬੁਖਾਰੀ ਸਨ ਜਿਨ੍ਹਾਂ ਨੂੰ ਗੁਰੂ ਘਰ ਵਿਰੁਧ ਜਹਾਂਗੀਰ ਨੂੰ ਗੁਰੂ ਸਾਹਿਬ ਵਿਰੁਧ ਝੂਠੀਆਂ ਤੋਹਮਤਾਂ ਲਗਾਈਆਂ। ਉਹ ਬਿਨਾਂ ਸੱਚੇ ਸਮਝੇ ਇਸ ਸ਼ੀਤਲ ਸੋਮੇ ਨੂੰ ਬੰਦ ਕਰਨ ਤੇ ਤੁਲ ਗਿਆ। ਉਨ੍ਹਾਂ ਨੇ ਜਹਾਂਗੀਰ ਬਾਦਸ਼ਾਹ ਨੂੰ ਗੁਰੂ ਅਰਜਨ ਦੇਵ ਜੀ ਵਿਰੁਧ ਖ਼ੂਬ ਭੜਕਾਇਆ ਤੇ ਖ਼ੁਸਰੋ ਦੀ ਮਦਦ ਕਰਨ ਦਾ ਵੀ ਇਲਜ਼ਾਮ ਲਗਾਇਆ।

ਜਹਾਂਗੀਰ ਨੇ ਅਪਣੀ ਸਵੈ ਜੀਵਨੀ ਤੋਜ਼ਕੇ-ਜਹਾਂਗੀਰੀ ਵਿਚ ਇਸ ਘਟਨਾ ਦਾ ਜ਼ਿਕਰ ਕੀਤਾ ਹੈ। ਇਨ੍ਹਾਂ ਚੁਗ਼ਲਖੋਰਾਂ ਦੀਆਂ ਗੱਲਾਂ ਮੰਨਦੇ ਹੋਏ ਗੁਰੂ ਸਾਹਿਬ ਨੂੰ ਗ੍ਰਿਫ਼ਤਾਰ ਕਰਨ ਦਾ ਹੁਕਮ ਜਾਰੀ ਕੀਤਾ ਗਿਆ। ਜਦੋਂ ਜਹਾਂਗੀਰ ਰਾਜ ਸਿਘਾਸਣ ਉਤੇ ਬੈਠਿਆ ਤਾਂ ਮੁੱਲਾ ਮੁਲਾਣਿਆਂ ਨੇ ਉਸ ਕੋਲੋਂ ਪ੍ਰਣ ਲੈ ਲਿਆ ਸੀ ਕਿ ਉਹ ਰਾਜ ਸ਼ਾਸਨ ਦੀ ਨੀਹ ਵਿਚ ਸ਼ਰਾ ਨੂੰ ਹੀ ਸੱਭ ਕੁੱਝ ਸਮਝੇਗਾ। ਗੁਰੂ ਅਰਜਨ ਦੇਵ ਜੀ ਨੂੰ ਰਾਜ ਦੋਸ਼ੀ ਠਹਿਰਾਇਆ ਗਿਆ ਤੇ ਦੋਸ਼ ਨਮਿਤ ਤਿੰਨ ਲੱਖ ਰੁਪਏ ਦਾ ਜੁਰਮਾਨਾ ਕੀਤਾ ਗਿਆ। ਗੁਰੂ ਸਾਹਿਬ ਨੇ ਜੁਰਮਾਨਾ ਦੇਣ ਤੋਂ ਇਨਕਾਰ ਕਰ ਦਿਤਾ।

ਜਹਾਂਗੀਰ ਨੇ, ਗੁਰੂ ਸਾਹਿਬ ਦੇ ਇਸ ਨਿਧੜਕ ਫ਼ੈਸਲੇ ਨੂੰ ਅਪਣੀ ਹੇਠੀ ਸਮਝਿਆ ਤੇ ਗੁਰੂ ਸਾਹਿਬ ਨੂੰ ਸ਼ਹੀਦ ਕਰਨ ਦਾ ਫ਼ੈਸਲਾ ਕਰ ਲਿਆ। ਉਸ ਨੇ ਅਪਣੀ ਆਤਮ ਕਥਾ ਤੋਜ਼ਕੇ-ਜਹਾਂਗੀਰੀ ਦੇ ਪੰਨਾ 35 ਉਤੇ ਲਿਖਿਆ ਹੈ ਕਿ ਗੁਰੂ ਅਰਜਨ ਦੇਵ ਨੂੰ ਬਸਿਯਾਸਤ-ਵ-ਬ-ਯਾਸਾ ਰਸਨੰਦ ਅਨੁਸਾਰ ਸ਼ਹੀਦ ਕਰ ਦਿਤਾ ਜਾਵੇ। ਯਾਸਾ ਤਾਂ ਉਸ ਪੁਰਸ਼ ਨੂੰ ਦਿਤੀ ਜਾਂਦੀ ਹੈ ਜੋ ਆਤਮਕ ਤੌਰ ਤੇ ਬਲਵਾਨ ਹੋਵੇ ਤੇ ਰਾਜਦੰਡ ਦਾ ਅਧਿਕਾਰੀ ਹੋਵੇ। ਇਹ ਤਰ੍ਹਾਂ ਦੀ ਸਜ਼ਾ ਦਾ ਮਤਲਬ ਇਹ ਹੈ ਕਿ ਅਪਰਾਧੀ ਨੂੰ ਮੌਤ ਦੀ ਸਜ਼ਾ ਦਿੰਦੇ ਉਸ ਦਾ ਖ਼ੂਨ ਜ਼ਮੀਨ ਤੇ ਨਾ ਡੁੱਲ੍ਹੇ। ਗੁਰੂ ਸਾਹਿਬ ਨੂੰ ਤੱਤੀ ਤਵੀ ਤੇ ਬਿਠਾਇਆ ਗਿਆ, ਫਿਰ ਉਬਲਦੇ ਪਾਣੀ ਦੀ ਦੇਗ ਵਿਚ ਉਬਾਲ ਕੇ ਬਾਅਦ ਵਿਚ ਰਾਵੀ ਦਰਿਆ ਵਿਚ ਰੋੜ੍ਹ ਦਿਤਾ ਗਿਆ। ਇਹ ਸੱਭ ਤਸੀਹੇ ਵੀ ਗੁਰੂ ਸਾਹਿਬ ਨੂੰ ਅਪਣੇ ਆਦਰਸ਼ ਤੋਂ ਪਾਸੇ ਨਾ ਹਟਾ ਸਕੇ ਤੇ ਆਪ ਸ਼ਹਾਦਤ ਪਾ ਗਏ ਤੇ ਬਾਬਾ ਨਾਨਕ ਸਾਹਿਬ ਦੀ ਦਰਸਾਈ ਵਿਚਾਰ ਪ੍ਰੰਪਰਾ ਹੋਰ ਗੌਰਵਮਈ ਤੇ ਸ਼ਕਤੀਸ਼ਾਲੀ ਬਣ ਗਈ। ਪੰਚਮ ਪਾਤਸ਼ਾਹ ਨੂੰ ਇਹ ਸਾਰੀਆਂ ਸਜ਼ਾਵਾਂ ਭੂਲੜ ਤੇ ਈਰਖਾਵਾਦੀ ਚੰਦੂ ਦੀ ਦੇਖ ਰੇਖ ਵਿਚ ਦਿਤੀਆਂ ਗਈਆਂ। ਸੂਰਜ ਪ੍ਰਕਾਸ਼ ਵਿਚ ਲਿਖਿਆ ਹੈ :

ਕਰਿ ਚਾਕਰ ਸੋ ਦੇਗ ਉਬਾਰੀ। ਪਕਰੋ ਦੇਹੁ, ਤਿਸੀਂ ਮਹਿ ਭਾਰੀ।

ਤਬਿ ਸਤਿਗੁਰੁ ਉਠਿ ਆਪੇ ਗਏ। ਤਪਤਿ ਨੀਰ ਮਹਿ ਬੈਠਤਿ ਭਏ। (ਪੰਨਾ 2364)

ਇਸ ਤਰ੍ਹਾਂ ਸੁਖਮਨੀ ਸਾਹਿਬ ਦੇ ਕਰਤਾ ਤੇ ਗੁਰੂ ਗ੍ਰੰਥ ਸਾਹਿਬ ਦੇ ਸੰਪਾਦਨ ਕਰਨ ਵਾਲੇ, ਸਿੱਖ ਸੰਗਤ ਨੂੰ ਧੀਰਜ ਤੇ ਸਬਰ ਦਾ ਉਪਦੇਸ਼ ਦੇਣ ਵਾਲੇ, ਇਸ ਪੰਜ ਭੂਤਕ ਸ੍ਰੀਰ ਨੂੰ ਤਿਆਗ ਗਏ। ਪੰਚਮ ਪਾਤਸ਼ਾਹ ਨੇ ਅੰਮ੍ਰਿਤਸਰ ਵਿਖੇ ਗ੍ਰਿਫ਼ਤਾਰੀ ਦੇਣ ਤੋਂ ਪਹਿਲਾਂ, ਗੁਰਤਾਗੱਦੀ ਦੀ ਜ਼ਿੰਮੇਵਾਰੀ ਸ੍ਰੀ ਗੁਰੂ ਹਰਗੋਬਿੰਦ ਜੀ ਨੂੰ ਸੌਂਪ ਕੇ, ਤਾਕੀਦ ਕੀਤੀ ਸੀ:- ''ਬਿਖੜੇ ਸਮੇਂ ਆ ਰਹੇ ਹਨ। ਬਦੀ ਦੀਆਂ ਤਾਕਤਾਂ ਮਨੁੱਖਤਾਂ ਨੂੰ ਹੜਪਣ ਲਈ ਤਿਆਰ ਹਨ... ਜੇ ਜਰਵਾਣੇ ਸ਼ਾਂਤਮਈ ਢੰਗ ਨਾਲ ਨਾ ਸਮਝਣ ਤਾਂ ਜਿਹੜੀ ਬੋਲੀ (ਸ਼ਸਤਰ ਦੀ) ਉਹ ਸਮਝਦੇ ਹਨ, ਉਸ ਨਾਲ ਉਨ੍ਹਾਂ ਨੂੰ ਸਿੱਧੇ ਰਸਤੇ ਪਾਉਣ।'' ਗੁਰੂ ਹਰਗੋਬਿੰਦ ਜੀ ਨੇ ਦੋ ਤਲਵਾਰਾਂ ਮੀਰੀ ਤੇ ਪੀਰੀ ਦੀਆਂ ਪਹਿਨੀਆਂ ਤੇ ਜ਼ੁਲਮ ਦਾ ਟਾਕਰਾ ਸ਼ਸਤਰਾਂ ਨਾਲ ਕਰਨ ਦੀ ਨਵੀਂ ਪ੍ਰੰਪਰਾ ਚਲਾਈ, ਜਿਹੜੀ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਵੇਲੇ ਹੋਰ ਵੀ ਪ੍ਰਚੰਡ ਰੂਪ ਧਾਰ ਗਈ। ਗੁਰੂ ਅਰਜਨ ਦੇਵ ਪਾਤਸ਼ਾਹ ਜੀ ਨੇ ਖ਼ੁਦ ਸ਼ਹੀਦੀ ਦੇ ਕੇ ਉਹ ਸਿੱਖ ਕੌਮ ਵਿਚ ਪਹਿਲੇ ਸ਼ਹੀਦਾਂ ਦਾ ਸਿਰਤਾਜ ਬਣੇ ਤੇ ਇਸ ਤੋਂ ਮਗਰੋਂ ਹੋਰ ਸ਼ਹੀਦੀਆਂ ਦੀ ਪ੍ਰੰਪਰਾ ਚਲਦੀ ਰਹੀ।

ਸੰਪਰਕ : 88720-06924

# ਸ਼ੁਕਰਾਨ ਦੁਬਈ...



• ਹਰਪ੍ਰੀਤ ਕੌਰ

ਘੁੰਮਣ-ਫਿਰਨ ਦੀ ਤਾਂਘ ਤਾਂ ਬਹੁਤ ਹੈ ਪਰ ਕੁਝ ਬੰਦਸ਼ਾਂ ਕਾਰਨ ਮੌਕਾ ਘੱਟ ਹੀ ਮਿਲਿਆ। ਫਿਰ ਇੱਕ ਦਿਨ ਸੰਯੁਕਤ ਅਰਬ ਅਮੀਰਾਤ ਦੇ ਸਭ ਤੋਂ ਵੱਡੇ ਸ਼ਹਿਰ ਦੁਬਈ ਜਾਣ ਦਾ ਅਚਾਨਕ ਸਬੱਬ ਬਣ ਗਿਆ। ਇਸ ਵਾਰ ਰਾਹ 'ਚ ਕੋਈ ਔਕੜ ਨਾ ਆਈ। ਇੰਸਟਾਗਰਾਮ 'ਤੇ ਇੱਕ ਟੂਰ ਤੇ ਟਰੈਵਲ ਕੰਪਨੀ ਦਾ ਇਸ਼ਤਿਹਾਰ ਦੇਖ ਕੇ ਫੋਨ ਮਿਲਾ ਬੈਠੀ। ਮੇਰੇ ਵੱਲੋਂ ਥੋੜ੍ਹੀ ਹਿਚਕਿਚਾਹਟ ਦਿਖਾਉਣ 'ਤੇ ਏਜੰਟ ਨੇ ਮੈਨੂੰ ਭਰੋਸੇ 'ਚ ਲੈਂਦਿਆਂ ਕਿਹਾ, ''ਤੁਸੀਂ ਫ਼ਿਕਰ ਨਾ ਕਰੋ, ਦੁਬਈ ਦੁਨੀਆ ਭਰ ਵਿੱਚੋਂ ਸਭ ਤੋਂ ਵੱਧ ਸੁਰੱਖਿਅਤ ਸ਼ਹਿਰ ਹੈ।'' ਇਸ ਦੇ ਨਾਲ ਹੀ ਉਸ ਨੇ ਪਹਿਲਾਂ ਹੀ ਪੈਕੇਜ ਬੁੱਕ ਕਰ ਚੁੱਕੀਆਂ ਦੋ ਮੁਟਿਆਰਾਂ ਦੇ ਨੰਬਰ ਮੇਰੇ ਨਾਲ ਸਾਂਝੇ ਕੀਤੇ। ਉਨ੍ਹਾਂ ਨਾਲ ਗੱਲ ਕਰ ਕੇ ਮੇਰਾ ਵੀ ਉਸ ਏਜੰਟ 'ਤੇ ਭਰੋਸਾ ਕਰਨ ਲਈ ਮਨ ਰਾਜ਼ੀ ਹੋ ਗਿਆ। ਇਸ ਮਗਰੋਂ ਮੈਂ ਘਰੋਂ ਪ੍ਰਵਾਨਗੀ ਲੈ ਕੇ ਅੱਧੇ ਪੈਸੇ ਜਮ੍ਹਾਂ ਕਰਵਾ ਦਿੱਤੇ ਅਤੇ ਕਾਗਜ਼ੀ ਕਾਰਵਾਈ ਮੁਕੰਮਲ ਹੋਣ ਮਗਰੋਂ ਬਾਕੀ ਦੇ ਪੈਸੇ ਵੀ ਦੇ ਦਿੱਤੇ। ਹੁਣ ਦੋ ਮਹੀਨੇ ਦਾ ਵੀਜ਼ਾ ਆ ਚੁੱਕਿਆ ਸੀ, ਉਡਾਣ ਦੀ ਆਉਣ-ਜਾਣ ਦੀ ਟਿਕਟ ਅਤੇ ਹੋਟਲ ਟਿਕਟਾਂ ਬੁੱਕ ਹੋ ਚੁੱਕੀਆਂ ਸਨ। ਬਸ ਬੈਗ ਪੈਕ ਕਰ ਕੇ ਰਵਾਨਾ ਹੋਣਾ ਹੀ ਬਾਕੀ ਸੀ। ਮਹਿਜ਼ ਪੰਜ ਦਿਨਾਂ ਦਾ ਟੂਰ ਸੀ। ਅਖ਼ੀਰ ਅਸੀਂ 13 ਜਣਿਆਂ ਦੇ ਗਰੁੱਪ ਨੇ ਦੁਬਈ ਦੀ ਧਰਤੀ 'ਤੇ ਪੈਰ ਧਰਿਆ। ਸਾਨੂੰ ਟੈਕਸੀ ਰਾਹੀਂ ਹੋਟਲ ਛੱਡ ਦਿੱਤਾ ਗਿਆ। ਉੱਥੇ ਥੋੜ੍ਹਾ ਆਰਾਮ ਕਰ ਕੇ ਅਸੀਂ ਸ਼ਾਮ ਨੂੰ ਕਰੂਜ਼ ਡਿਨਰ ਲਈ ਚਾਲੇ ਪਾਏ ਜੋ ਦੁਬਈ ਮਰੀਨਾ 'ਤੇ ਸੀ। ਇਹ ਇੱਕ ਰਿਹਾਇਸ਼ੀ ਇਲਾਕਾ ਹੈ। ਇਸ ਖੇਤਰ ਵਿਚਲੀਆਂ ਉੱਚੀਆਂ-ਉੱਚੀਆਂ ਇਮਾਰਤਾਂ ਅਤੇ ਮਰੀਨਾ ਦੇ ਕੰਢੇ ਖੜ੍ਹੇ ਬੇੜੇ ਹਰ ਵਿਅਕਤੀ ਦੇ ਮਨ ਨੂੰ ਟੁੰਬਦੇ ਹਨ। ਮਨੁੱਖ ਵੱਲੋਂ ਨਿਰਮਿਤ ਮਰੀਨਾ ਬੀਚ ਸਾਢੇ ਤਿੰਨ ਕਿਲੋਮੀਟਰ 'ਚ ਫੈਲੀ ਹੋਈ ਹੈ। ਬੀਚ ਨੇੜੇ ਆਧੁਨਿਕ ਸ਼ਹਿਰ ਵਸਾਇਆ ਹੋਇਆ ਹੈ। ਇਹ ਇਲਾਕਾ ਸੈਲਾਨੀਆਂ ਦੀ ਵਿਸ਼ੇਸ਼ ਖਿੱਚ ਦਾ ਕੇਂਦਰ ਹੈ। ਇੱਥੇ ਪਾਣੀ ਵਾਲੇ ਜਹਾਜ਼ ਦੀ ਉੱਪਰਲੀ ਡੈੱਕ 'ਤੇ ਸਾਡੇ ਸਣੇ ਹੋਰਨਾਂ ਸੈਲਾਨੀਆਂ ਨੇ ਰਾਤਰੀ ਭੋਜ ਦਾ ਆਨੰਦ ਮਾਣਿਆ ਅਤੇ ਆਲੇ-ਦੁਆਲੇ ਚਮਕਦੀਆਂ ਉੱਚੀਆਂ ਇਮਾਰਤਾਂ ਤੇ 'ਦੁਬਈ ਆਈ' ਨੂੰ ਮਨਾਂ ਦੇ ਨਾਲ-ਨਾਲ ਫੋਨਾਂ ਦੇ ਕੈਮਰਿਆਂ 'ਚ ਕੈਦ ਕੀਤਾ। ਹਵਾ ਦੇ ਠੰਢੇ ਠੰਢੇ ਬੁੱਲਿਆਂ ਦੇ ਨਾਲ-ਨਾਲ ਅਰਬੀ, ਹਿੰਦੀ ਤੇ ਪੰਜਾਬੀ ਸੰਗੀਤ ਦੀਆਂ ਧੁਨਾਂ 'ਤੇ ਨੱਚ-ਟੱਪ ਕੇ ਖ਼ੂਬਸੂਰਤ ਪਲਾਂ ਦਾ ਆਨੰਦ ਮਾਣਿਆ। ਇਸ ਦੇ ਨਾਲ ਹੀ ਇੰਜ ਹੀ ਸਾਡੇ ਨਾਲ ਵਾਲੇ ਮੇਜ਼ 'ਤੇ ਬੈਠੇ ਤਾਜਿਕਿਸਤਾਨ ਨਾਲ ਸਬੰਧਿਤ ਪਰਿਵਾਰ ਨੂੰ ਮਿਲਣ ਦਾ ਮੌਕਾ ਮਿਲਿਆ। ਬੇਸ਼ੱਕ, ਉਨ੍ਹਾਂ ਦੀ ਬੋਲੀ ਵੱਖਰੀ ਸੀ ਪਰ ਅੰਗਰੇਜ਼ੀ 'ਚ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਮੁਲਕ ਕੁਦਰਤੀ ਸੁਹੱਪਣ ਲਈ ਜਾਣਿਆ ਜਾਂਦਾ ਹੈ। ਉਨ੍ਹਾਂ ਦੀ ਸਾਦਗੀ ਨੇ ਡੂੰਘਾ ਅਸਰ ਛੱਡਿਆ। ਇਸ ਤੋਂ ਬਾਅਦ ਵਾਪਸ ਹੋਟਲ ਚਲੇ ਗਏ ਅਤੇ ਥੱਕੇ-ਟੁੱਟੇ ਹੋਣ ਕਾਰਨ ਘੂਕ ਸੌਂ ਗਏ।

ਅਗਲੇ ਦਿਨ ਅਸੀਂ ਸ਼ਹਿਰ ਦੇ ਦੌਰੇ 'ਤੇ ਗਏ। ਸਾਡੇ ਨਾਲ ਟੂਰ ਗਾਈਡ ਵੀ ਮੌਜੂਦ ਸੀ। ਸਭ ਤੋਂ ਪਹਿਲਾਂ ਅਸੀਂ ਪੁਰਾਣੀ ਦੁਬਈ ਗਏ ਜਿੱਥੇ ਪੁਰਾਣੀਆਂ ਦੁਕਾਨਾਂ ਮੌਜੂਦ ਹਨ। ਉਹ ਸਾਨੂੰ ਸਭ ਤੋਂ ਪਹਿਲਾਂ ਸਪਾਈਸ ਸੂਕ ਲੈ ਗਏ ਜੋ ਡੇਰਾ ਵਿੱਚ ਸਥਿਤ ਹੈ। ਇੱਥੇ ਵੱਖ-ਵੱਖ ਤਰ੍ਹਾਂ ਦੇ ਮਸਾਲੇ, ਜੜੀਆਂ-ਬੂਟੀਆਂ ਅਤੇ ਸੁੱਕੇ ਮੇਵੇ ਆਦਿ ਮਿਲਦੇ ਹਨ। ਇਸ ਦੇ ਨਾਲ ਹੀ ਗੋਲਡ ਸੂਕ ਪੈਂਦਾ ਹੈ ਜਿੱਥੇ ਪੀਲੀ ਧਾਤ ਤੇ ਗਹਿਣਿਆਂ ਦੀਆਂ ਬੇਸ਼ੁਮਾਰ ਦੁਕਾਨਾਂ ਹਨ। ਇੱਥੇ ਹੀ ਦੁਨੀਆ ਦੀ ਸਭ ਤੋਂ ਭਾਰੀ ਸੋਨੇ ਦੀ ਅੰਗੂਠੀ, ਜਿਸ ਦਾ ਨਾਮ ਨਜ਼ਮਤ ਤਇਬਾ ਹੈ, ਦੀ ਨੁਮਾਇਸ਼ ਕੀਤੀ ਹੋਈ ਹੈ। ਇਸ ਵਿੱਚ ਕੀਮਤੀ ਪੱਥਰ ਤੇ ਹੀਰੇ ਮੋਤੀ ਜੜੇ ਹੋਏ ਹਨ ਅਤੇ ਇਸ ਦਾ ਕੁੱਲ ਵਜ਼ਨ 64 ਕਿਲੋ ਹੈ। ਸਭ ਤੋਂ ਭਾਰੀ ਅੰਗੂਠੀ ਹੋਣ ਕਾਰਨ ਇਸ ਦਾ ਨਾਂ ਗਿੰਨੀਜ਼ ਬੁੱਕ ਆਫ ਵਰਲਡ ਰਿਕਾਰਡਜ਼ ਵਿੱਚ ਦਰਜ ਹੈ। ਇਸ ਨੂੰ 55 ਕਾਰੀਗਰਾਂ ਨੇ 45 ਦਿਨਾਂ ਵਿੱਚ ਤਿਆਰ ਕੀਤਾ ਸੀ। ਇਸ ਦੀ ਕੀਮਤ ਤੀਹ ਲੱਖ ਡਾਲਰ ਹੈ। ਇਸ ਮਗਰੋਂ ਅਸੀਂ ਆਬਰਾ (ਬੇੜੀ) ਰਾਹੀਂ ਪੁਰਾਣੀ ਦੁਬਈ ਤੋਂ ਨਵੀਂ ਦੁਬਈ ਵੱਲ ਚਾਲੇ ਪਾਏ। ਗਾਈਡ ਨੇ ਦੱਸਿਆ ਕਿ ਲੋਕ ਪੁਰਾਣੀ ਦੁਬਈ ਤੋਂ ਨਵੀਂ ਦੁਬਈ 'ਚ ਆਬਰਾ ਰਾਹੀਂ ਹੀ ਆਉਂਦੇ-ਜਾਂਦੇ ਸਨ। ਹਰੇ ਪਾਣੀਆਂ 'ਚੋਂ ਹੁੰਦੇ ਹੋਏ ਕਿਸ਼ਤੀ ਰਾਹੀਂ ਅਸੀਂ



ਨਵੀਂ ਦੁਬਈ ਵੱਲ ਨੂੰ ਚਾਲੇ ਪਾਏ। ਇਸ ਤੋਂ ਬਾਅਦ ਅਸੀਂ ਦੁਬਈ ਫਰੇਮ ਗਏ ਜੋ ਪੁਰਾਣੀ ਤੇ ਨਵੀਂ ਦੁਬਈ ਦੇ ਦੋਵੇਂ ਪਾਸਿਆਂ ਦੇ ਦੀਦਾਰ ਕਰਾਉਂਦਾ ਹੈ। ਇਹ 150 ਮੀਟਰ ਉੱਚਾ ਸੁਨਹਿਰੀ ਰੰਗ ਦਾ ਫਰੇਮ ਹੈ। ਦੁਬਈ ਫਰੇਮ ਨੂੰ ਸ਼ਹਿਰ ਦੇ ਮੱਛੀ ਫੜਨ ਵਾਲੇ ਪਿੰਡ ਤੋਂ ਲੈ ਕੇ ਵਿਕਾਸ ਦੀਆਂ ਲੀਹਾਂ ਤੱਕ ਪੁੱਜਣ ਦੀ ਕਹਾਣੀ ਪੇਸ਼ ਕਰਨ ਲਈ ਡਿਜ਼ਾਈਨ ਕੀਤਾ ਗਿਆ ਹੈ। ਇਹ ਦੁਨੀਆ ਦਾ ਸਭ ਤੋਂ ਵੱਡਾ ਫਰੇਮ ਹੈ। ਇੱਥੇ ਤਸਵੀਰਾਂ ਖਿਚਵਾਉਣ ਮਗਰੋਂ ਅਸੀਂ ਨੇੜੇ ਹੀ ਸਥਿਤ ਇੱਕ ਰੈਸਤਰਾਂ 'ਤੇ ਖਾਣਾ ਖਾਣ ਲਈ ਪੁੱਜੇ, ਉੱਥੇ ਮੈਨਿਊ ਦੇਖ ਕੇ ਹੋਸ਼ ਉੱਡ ਗਏ। ਪਾਣੀ ਦੀ ਬੋਤਲ ਮਹਿੰਗੀ ਤੇ ਠੰਢੇ ਦੀ ਬੋਤਲ ਸਸਤੀ ਸੀ। ਪਾਣੀ ਦੀ ਇੱਕ ਲਿਟਰ ਦੀ ਬੋਤਲ 70 ਰੁਪਏ ਦੀ ਸੀ। ਉੱਥੇ ਇਸ ਗੱਲ ਦਾ ਅਹਿਸਾਸ ਹੋਇਆ ਕਿ ਇਹ ਮੁਲਕ ਸਿਰਫ਼ ਘੁੰਮਣ-ਫਿਰਨ ਲਈ ਹੀ ਠੀਕ ਨੇ, ਰਹਿਣ ਸਹਿਣ ਲਈ ਤਾਂ ਆਪਣਾ ਦੇਸ਼ ਹੀ ਵਧੀਆ ਹੈ। ਸ਼ਾਮ ਨੂੰ ਅਸੀਂ ਹੋਟਲ ਦੇ ਨੇੜੇ ਹੀ ਬਾਜ਼ਾਰ ਦਾ ਗੇੜਾ ਕੱਢਿਆ ਅਤੇ ਰੰਗ-ਬਿਰੰਗੀਆਂ ਆਸਮਾਨ ਛੂੰਹਦੀਆਂ ਇਮਾਰਤਾਂ ਨੇੜੇ ਘੁੰਮਦੇ ਲੋਕਾਂ ਨੂੰ ਦੇਖਿਆ ਜਿਹੜੇ ਆਪੋ-ਆਪਣੀ ਧੁਨ ਵਿੱਚ ਮਸਤ ਸਨ।

ਅਗਲੇ ਦਿਨ ਅਸੀਂ ਮਰੀਨਾ ਬੀਚ 'ਤੇ ਗਏ ਜਿੱਥੇ ਸਫੈਦ ਰੇਤ ਦੇ ਨਾਲ ਹਰੇ ਪਾਣੀ ਦਾ ਸੁਮੇਲ ਮਨ ਨੂੰ ਮੋਹ ਰਿਹਾ ਸੀ ਪਰ ਤਿੱਖੀ ਧੁੱਪ ਵੀ ਪੂਰਾ ਕਹਿਰ ਵਰ੍ਹਾ ਰਹੀ ਸੀ। ਦਿਲਕਸ਼ ਨਜ਼ਾਰਾ ਦੇਖ ਕੇ ਧੁੱਪ ਤੇ ਗਰਮੀ ਤਾਂ ਚਿੱਤ ਚੇਤੇ ਹੀ ਨਹੀਂ ਰਹੀ। ਇਸ ਦੇ ਨੇੜੇ ਹੀ ਦੁਨੀਆ ਦੇ ਇਕਲੌਤੇ ਸੱਤ ਤਾਰਾ ਹੋਟਲ ਬੁਰਜ ਅਲ ਅਰਬ ਦੀ ਇਮਾਰਤ ਹੈ ਜਿਸ ਵਿੱਚ ਇੱਕ ਰਾਤ ਰਹਿਣ ਦਾ ਕਿਰਾਇਆ 35 ਲੱਖ ਰੁਪਏ ਦੇ ਨੇੜੇ ਹੈ। ਇਸ ਤੋਂ ਬਾਅਦ ਅਸੀਂ ਮਿਊਜ਼ੀਅਮ ਆਫ ਦਿ ਫਿਊਚਰ ਗਏ ਜਿਸ ਦੀਆਂ ਸੱਤ ਮੰਜ਼ਿਲਾਂ ਹਨ। ਇਹ ਵਿਗਿਆਨ, ਤਕਨਾਲੋਜੀ ਤੇ ਨਵੀਨਤਾ ਦਾ ਪ੍ਰਤੀਕ ਹੈ। ਇਸ ਦਾ ਉਦਘਾਟਨ 22 ਫਰਵਰੀ 2022 ਨੂੰ ਹੋਇਆ ਸੀ। ਇਸ ਮਗਰੋਂ ਅਸੀਂ ਦੁਬਈ ਮਾਲ ਗਏ ਜੋ ਸੰਸਾਰ ਦਾ ਸਭ ਤੋਂ ਵੱਡਾ ਮਾਲ ਹੈ। ਇੱਥੇ ਵੱਡੇ-ਵੱਡੇ ਬ੍ਰਾਂਡ ਮੌਜੂਦ ਹਨ ਜਿਨ੍ਹਾਂ ਨੂੰ ਆਮ ਬੰਦਾ ਸਿਰਫ਼ ਦੇਖ ਹੀ ਸਕਦਾ ਹੈ, ਖਰੀਦਣਾ ਉਸ ਦੇ ਵੱਸ ਤੋਂ ਬਾਹਰ ਹੈ। ਦੁਬਈ ਮਾਲ ਦੇ ਵਿੱਚ ਹੀ ਬੁਰਜ ਖਲੀਫ਼ਾ ਦੀ ਇਮਾਰਤ ਸਥਿਤ ਹੈ। ਇਸ ਮਗਰੋਂ ਅਸੀਂ ਟਿਕਟ ਲੈ ਕੇ ਬੁਰਜ ਖਲੀਫ਼ਾ ਪੁੱਜੇ ਜਿਹੜੀ ਵਿਸ਼ਵ ਭਰ ਦੀ ਸਭ ਤੋਂ ਉੱਚੀ ਇਮਾਰਤ ਹੈ। ਇਸ ਵਿੱਚ 163 ਮੰਜ਼ਿਲਾਂ ਹਨ ਪਰ ਅਸੀਂ ਟਿਕਟ ਲੈ ਕੇ 137ਵੀਂ ਮੰਜ਼ਲ 'ਤੇ ਗਏ ਜਿੱਥੋਂ ਅਸੀਂ ਇਸ ਸ਼ਹਿਰ ਦੇ ਵਿਕਾਸ ਦੀ ਮੂੰਹ ਬੋਲਦੀ ਤਸਵੀਰ ਦੇਖੀ। ਕੁਝ ਵਰ੍ਹਿਆਂ 'ਚ ਹੀ ਇਸ ਸ਼ਹਿਰ ਨੂੰ ਤਰੱਕੀ ਦੀਆਂ ਬੁਲੰਦੀਆਂ 'ਤੇ ਪਹੁੰਚਾ ਕੇ ਇੱਥੋਂ ਦੇ ਸ਼ਾਸਕਾਂ ਨੇ ਆਪਣੀ ਦੂਰ-ਅੰਦੇਸ਼ੀ ਦਾ ਪ੍ਰਗਟਾਵਾ ਕੀਤਾ ਹੈ।

ਅਗਲੇ ਦਿਨ ਸਾਡਾ ਡੈਜ਼ਰਟ ਸਫਾਰੀ ਦਾ ਪ੍ਰੋਗਰਾਮ ਸੀ। ਜਿਹੜੇ ਨੌਜਵਾਨ ਨੇ ਸਾਨੂੰ ਰੇਗਿਸਤਾਨ 'ਚ ਗੱਡੀ ਰਾਹੀਂ ਕਰਤੱਬ ਦਿਖਾਉਣੇ ਸਨ, ਉਸ ਦਾ ਨਾਂ ਰਾਜਾ ਬਿਲਾਲ ਸੀ। ਉਹ ਪਿੱਛੋਂ ਲਹਿੰਦੇ ਪੰਜਾਬ ਦੇ ਰਾਵਲਪਿੰਡੀ ਨਾਲ ਸਬੰਧਿਤ ਸੀ ਪਰ ਇੱਥੇ ਪਿਛਲੇ ਨੌਂ ਸਾਲਾਂ ਤੋਂ ਕੰਮ ਕਰ ਰਿਹਾ ਹੈ। ਉਸ ਦੀ ਭਾਰਤੀਆਂ ਲਈ ਅਪਣੱਤ ਦੇਖ ਕੇ ਰੂਹ ਖ਼ੁਸ਼ ਹੋ ਗਈ। ਉਸ ਦਾ ਕਹਿਣਾ ਸੀ, ''ਸਾਨੂੰ ਭਾਰਤੀਆਂ ਵਿੱਚੋਂ ਆਪਣੇਪਣ ਦੀ ਖ਼ੁਸ਼ਬੂ ਆਉਂਦੀ ਹੈ। ਜੇ ਤੁਸੀਂ ਪਾਕਿਸਤਾਨ ਆਓਗੇ ਤੇ ਕਹੋਗੇ ਕਿ ਅਸੀਂ ਇੰਡੀਆ ਤੋਂ ਆਏ ਹਾਂ ਤਾਂ ਤੁਹਾਡਾ ਸਭ ਕੁਝ ਖਾਣਾ-ਪੀਣਾ, ਰਹਿਣਾ-ਸਹਿਣਾ ਫਰੀ ਹੋ ਜਾਵੇਗਾ।'' ਫਿਰ ਉਸ ਨੇ ਭਾਰਤ ਆਉਣ ਦੀ ਇੱਛਾ ਜ਼ਾਹਿਰ ਕੀਤੀ ਅਤੇ ਪੰਜਾਬ ਦੇ ਗਰਾਂ ਦੇਖਣ ਦੀ ਗੱਲ ਆਖੀ। ਉਸ ਨਾਲ ਗੱਲ ਕਰ ਕੇ ਇਹ ਇੱਕ ਪਲ ਲਈ ਵੀ ਮਹਿਸੂਸ ਨਹੀਂ ਹੋਇਆ ਕਿ ਅਸੀਂ 'ਦੁਸ਼ਮਣ' ਮੁਲਕ ਦੇ ਬਾਸ਼ਿੰਦੇ ਨਾਲ ਗੱਲ ਕਰ ਰਹੇ ਹਾਂ। ਇੰਜ ਹੀ ਇੱਕ ਹੋਰ ਪਾਕਿਸਤਾਨੀ ਡਰਾਈਵਰ, ਜਿਸ ਦੀ ਗੱਡੀ 'ਚ ਅਸੀਂ ਬਾਜ਼ਾਰ ਗਏ ਸਾਂ, ਜਦੋਂ ਉਸ ਨੂੰ ਅਸੀਂ ਚੜ੍ਹਦੇ ਪੰਜਾਬ ਨਾਲ ਸਬੰਧਿਤ ਹੋਣ ਬਾਰੇ ਦੱਸਿਆ ਤਾਂ ਉਸ ਨੇ ਪੈਸੇ ਲੈਣ ਤੋਂ ਹੀ ਮਨ੍ਹਾਂ ਕਰ ਦਿੱਤਾ। ਉਸ ਆਖਿਆ, ''ਤੁਸੀਂ ਸਾਡੇ ਆਪਣੇ ਹੋ।'' ਸਿਆਸਤ ਨੂੰ ਦਰਕਿਨਾਰ ਕਰਕੇ ਦੇਖੀਏ ਤਾਂ ਦੇਸ਼ਵੰਡ ਨੂੰ ਪੌਣੀ ਸਦੀ ਬੀਤਣ ਦੇ ਬਾਵਜੂਦ ਲੋਕਾਂ ਦੇ ਮਨਾਂ 'ਚ ਸਰਹੱਦਾਂ ਨਹੀਂ ਉਸਰੀਆਂ।

ਰੇਗਿਸਤਾਨ ਵਿੱਚ ਏਟੀਵੀ ਦੀ ਸਵਾਰੀ ਕਰਨ ਤੋਂ ਬਾਅਦ ਸਾਡਾ ਰਾਤਰੀ ਭੋਜ ਸੀ ਜਿੱਥੇ ਵਿਭਿੰਨ ਪਕਵਾਨ ਪਰੋਸੇ ਹੋਏ ਸਨ। ਇਸ ਦੇ ਨਾਲ ਹੀ ਨਾਚ-ਗਾਣੇ ਦਾ ਵੀ ਪੂਰਾ ਪ੍ਰਬੰਧ ਸੀ। ਨਰਤਕੀਆਂ ਬੈਲੀ ਡਾਂਸ ਰਾਹੀਂ ਲੋਕਾਂ ਦਾ ਮਨੋਰੰਜਨ ਕਰ ਰਹੀਆਂ ਸਨ। ਇਸ ਦੇ ਨਾਲ ਹੀ ਅੱਗ ਨਾਲ ਖੇਡਦਿਆਂ ਕਲਾਕਾਰਾਂ ਨੇ ਵੱਖਰਾ ਹੀ ਨਜ਼ਾਰਾ ਪੇਸ਼ ਕੀਤਾ। ਇਸ ਤੋਂ ਬਾਅਦ ਸਫੈਦ ਕੱਪੜੇ ਪਹਿਨੇ ਨੌਜਵਾਨਾਂ ਨੇ ਯੂਏਈ ਦੇ ਪੁਰਾਤਨ ਨ੍ਰਿਤ ਆਈਆਲਾ ਦੀ ਪੇਸ਼ਕਾਰੀ ਕੀਤੀ। ਗੀਤ ਦੇ ਬੋਲ ਤਾਂ ਸਮਝ ਨਹੀਂ ਆਏ ਪਰ ਸੰਗੀਤ ਦੀਆਂ ਧੁਨਾਂ ਦਾ ਜ਼ਰੂਰ ਆਨੰਦ ਮਾਣਿਆ।

ਅਗਲੇ ਦਿਨ ਅਸੀਂ ਸ਼ਾਮ ਨੂੰ ਭਾਰਤ ਪਰਤਣਾ ਸੀ। ਇਸ ਲਈ ਦਿਨ ਵੇਲੇ ਅਸੀਂ ਉੱਥੋਂ ਦੇ ਮਸ਼ਹੂਰ ਮੀਨਾ ਬਾਜ਼ਾਰ ਦਾ ਗੇੜਾ ਕੱਢਿਆ ਉੱਥੋਂ ਊਦ (ਇੱਤਰ) ਸਣੇ ਹੋਰ ਨਿੱਕਾ ਮੋਟਾ ਸਾਮਾਨ ਖਰੀਦਿਆ। ਬੇਸ਼ੱਕ, ਉਨ੍ਹਾਂ ਦੀ ਕਰੰਸੀ ਦਿਰਹਾਮ ਸਾਡੇ 24-25 ਰੁਪਏ ਦੇ ਬਰਾਬਰ ਹੈ ਪਰ ਉੱਥੇ ਟੈਕਸ ਮੁਕਤ ਹੋਣ ਕਾਰਨ ਕਈ ਵਸਤਾਂ ਜਿਵੇਂ ਇਲੈਕਟ੍ਰਾਨਿਕ ਦਾ ਸਾਮਾਨ ਵਾਜਬ ਮੁੱਲ 'ਤੇ ਮਿਲ ਜਾਂਦਾ ਹੈ। ਅਖ਼ੀਰ ਯਾਦਾਂ ਦਾ ਸਰਮਾਇਆ ਲੈ ਕੇ ਆਪਣੇ ਮੁਲਕ ਪਰਤ ਆਏ। ਇਸ ਸ਼ਾਨਦਾਰ ਤਜਰਬੇ ਲਈ ਸ਼ੁਕਰਾਨ ਦੁਬਈ।

# ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੇ ਕਾਰਨ

ਸਫ਼ਾ 5 ਦੀ ਬਾਕੀ

ਸਾਹਿਬ ਦਾ ਇਹ ਕਦਮ ਜਿੱਥੇ ਧਰਮ ਦੇ ਨਾਮ 'ਤੇ ਧਾਰਮਿਕ ਅਸਥਾਨਾਂ ਦੁਆਲੇ ਲਗਾਈਆਂ ਧਾਰਮਿਕ ਕੱਟੜਤਾ ਦੀਆਂ ਵਲਗਣਾਂ ਨੂੰ ਤੋੜਨ ਵਾਲਾ ਸੀ, ਉਥੇ ਸਦੀਆਂ ਤੋਂ ਹਿੰਦੂ ਧਰਮ ਦੇ ਵਰਣ-ਆਸ਼ਰਮ ਦੁਆਰਾ ਕੀਤੀ ਜਾਂਦੀ ਮਨੁੱਖਤਾ ਦੀ ਲੁੱਟ ਵਿਰੁੱਧ ਵੰਗਾਰ ਵੀ ਸੀ। ਹਰਿਮੰਦਰ ਦੇ ਚਾਰੇ ਪਾਸੇ ਦਰਵਾਜ਼ੇ ਇਸ ਗੱਲ ਦੇ ਸੂਚਕ ਸਨ ਕਿ ਏਥੇ ਬਿਨਾਂ ਰੰਗ-ਜਾਤ ਭੇਦ ਤੋਂ ਸਭ ਨੂੰ ਗਲੇ ਲਗਾਇਆ ਜਾਵੇਗਾ। ਸਿੱਟੇ ਵਜੋਂ ਆਮ ਭਾਰਤੀ ਪੀੜਤ ਜਨਤਾ ਨੂੰ ਪਹਿਲੀ ਵਾਰ ਇਹ ਅਹਿਸਾਸ ਜਾਗਿਆ ਕਿ ਉਹ ਮਨੁੱਖ ਹੋਣ ਦੇ ਨਾਤੇ ਧਾਰਮਿਕ ਅਸਥਾਨ 'ਤੇ ਵੀ ਜਾ ਸਕਦੇ ਹਨ ਅਤੇ ਪਰਮੇਸ਼ਵਰ ਦਾ ਨਾਮ ਜਪਣ ਦੇ ਅਧਿਕਾਰੀ ਵੀ ਹਨ ਕਿਉਂਕਿ ਭਾਰਤੀ ਧਰਮ ਪ੍ਰਪੰਰਾ ਨੇ ਹੇਠਲੇ ਵਰਣਾਂ ਦੇ ਲੋਕਾਂ ਨੂੰ ਇਸ ਅਧਿਕਾਰ ਤੋਂ ਸੱਖਣਾ ਹੀ ਨਹੀਂ ਸੀ ਰੱਖਿਆ, ਸਗੋਂ ਪ੍ਰਮਾਤਮਾ ਦਾ ਨਾਮ ਜਪਣ ਦੀ ਕੁਤਾਹੀ ਕਰਨ ਜਾਂ ਧਰਮ ਗ੍ਰੰਥ ਦੇ ਦਰਸ਼ਨ ਕਰਨ 'ਤੇ ਸਖ਼ਤ ਸਜ਼ਾਵਾਂ ਦਾ ਭਾਗੀ ਵੀ ਬਣਾ ਦਿੱਤਾ ਸੀ। ਅੰਮ੍ਰਿਤਸਰ ਦੀ ਸਿੱਖ ਧਾਰਮਿਕ ਕੇਂਦਰ ਵਜੋਂ ਸਥਾਪਨਾ ਨਾਲ ਸਿੱਖਾਂ ਨੂੰ ਖਾਸ ਕਰਕੇ ਅਤੇ ਪੰਜਾਬੀਆਂ ਨੂੰ ਆਮ ਕਰਕੇ ਸਾਂਝਾ ਕੇਂਦਰੀ ਸਥਾਨ ਪ੍ਰਾਪਤ ਹੋ ਗਿਆ। ਆਦਿ ਗ੍ਰੰਥ ਦੀ ਸੰਪਾਦਨਾ ਵੇਲੇ ਧਿਆਨ ਵਿਚ ਰੱਖੇ ਪੈਮਾਨੇ ਨੇ ਉਸ ਵੇਲੇ ਦੇ ਨਸਲ ਭੇਦ ਵਿਚ ਉਲਝੇ ਸਮਾਜ ਲਈ ਜਿਥੇ ਇੱਕ ਚੁਣੌਤੀ ਖੜੀ ਕਰ ਦਿੱਤੀ ਸੀ, ਉਥੇ ਸਰਬੱਤ ਦੇ ਭਲੇ ਦਾ ਅਨੋਖਾ ਅਤੇ ਨਿਵੇਕਲਾ ਅਧਿਆਤਮਕ ਮਾਡਲ ਵੀ ਸਾਹਮਣੇ ਲੈ ਆਂਦਾ ਸੀ। ਨਤੀਜੇ ਵਜੋਂ ਸਿੱਖ ਧਰਮ ਲੋਕ-ਮਾਨਸਿਕਤਾ ਵਿਚ ਇਸ ਤਰ੍ਹਾਂ ਉਤਰਿਆ ਕਿ ਹੌਲੀ-ਹੌਲੀ ਸਿੱਖ ਧਰਮ ਇਕ ਲੋਕ ਲਹਿਰ ਬਣ ਗਿਆ। ਲੋਕ ਲਹਿਰ ਦੇ ਨਾਇਕ ਬਾਗ਼ੀ ਰੂਪ ਵਜੋਂ ਮਾਨਤਾ ਪ੍ਰਾਪਤ ਕਰ ਲੈਂਦੇ ਹਨ। ਇਸੇ ਵਿਚੋਂ ਸ਼ਹਾਦਤ ਦੇ ਸੋਮੇ ਫੁੱਟਣੇ ਸੁਭਾਵਿਕ ਗੱਲ ਬਣ ਜਾਂਦੀ ਹੈ। ਗੁਰੂ ਅਰਜਨ ਦੇਵ ਜੀ ਦੋਵੇਂ ਵੱਡੇ ਭਰਾਵਾਂ ਪ੍ਰਿਥੀ ਚੰਦ ਅਤੇ ਮਹਾਂਦੇਵ ਜੀ ਨੂੰ ਬੇਹੱਦ ਪਿਆਰ ਅਤੇ ਸਤਿਕਾਰ ਦਿੰਦੇ ਸਨ, ਪਰ ਉਹ ਦੋਵੇਂ ਪਿਆਰ ਅਤੇ ਸਤਿਕਾਰ ਨੂੰ ਅੱਖੋਂ ਓਹਲੇ ਕਰ ਇਨ੍ਹਾਂ ਪ੍ਰਤੀ ਨਫ਼ਰਤ ਦਾ ਪ੍ਰਗਟਾਅ ਕਰਦੇ ਰਹਿੰਦੇ। ਪ੍ਰਿਥੀ ਚੰਦ ਅੰਦਰੋਂ ਲੋਭ-ਲਾਲਚ ਵਿਚ ਗ੍ਰਸਿਆ ਹੋਇਆ ਸੀ। ਜਿਥੇ ਉਹ ਸੰਸਾਰੀ ਵਸਤਾਂ ਤੇ ਮਾਇਆ ਦੀ ਪਕੜ ਵਿਚ ਸੀ, ਉਥੇ ਚੌਥੇ ਗੁਰੂ ਪਾਤਸ਼ਾਹ ਦਾ ਵੱਡਾ ਪੁੱਤਰ ਹੋਣ ਦੀ ਹਉਮੈ ਨੂੰ ਪਾਲੀ ਬੈਠਾ ਸੀ। ਗੁਰ ਗੱਦੀ ਗੁਰੂ ਅਰਜਨ ਦੇਵ ਜੀ ਨੂੰ ਮਿਲਣ 'ਤੇ ਉਸ ਅੰਦਰ ਈਰਖਾ ਦੇ ਭਾਂਬੜ ਬਲ ਉੱਠੇ ਈਰਖਾ ਦੀ ਅਗਨੀ ਹੋਰ ਵਧੀ ਜਦੋਂ ਗੁਰੂ ਰਾਮਦਾਸ ਜੀ ਦੇ ਭੋਗ 'ਤੇ ਬਾਬਾ ਸ੍ਰੀ ਚੰਦ ਵੱਲੋਂ ਦੋ ਪੱਗਾਂ ਭੇਜੀਆਂ। ਇਸ ਗੱਲ ਦਾ ਪ੍ਰਗਟਾ ਬੰਸਾਵਲੀ ਨਾਮੇ ਵਿਚ ਇਸ ਤਰ੍ਹਾਂ ਕੀਤਾ ਹੋਇਆ ਹੈ: ਸਿਰੀ ਚੰਦ ਸਾਹਿਬ ਜੀ ਪੱਗ ਭਿਜਵਾਈ ਇਕ ਪ੍ਰਿਥੀ ਨੂੰ, ਇਕ ਅਰਜਨ ਨੂੰ ਆਈ ਮਰਨੇ ਕੀ ਪੱਗ ਪ੍ਰਿਥੀਏ ਬੱਧੀ, ਗੁਰਿਆਈ ਪੱਗ ਗੁਰੂ ਅਰਜਨ ਬੱਧੀ। ਪ੍ਰਿਥੀ ਚੰਦ ਨੇ ਗੁਰ ਗੱਦੀ ਹਾਸਲ ਕਰਨ ਲਈ ਹਰ ਤਰੀਕਾ ਵਰਤਿਆ ਮਸੰਦਾਂ, ਗੁਰੂਆਂ ਦੋਖੀਆਂ ਅਤੇ ਰਾਜ ਦੇ ਕਰਮਚਾਰੀਆਂ ਨੂੰ ਲਾਲਚ ਦੇ ਕੇ ਆਪਣੇ ਹੱਕ ਵਿਚ ਕਰਨ ਲਈ ਹਰ ਹਰਬਾ ਵਰਤਿਆ, ਪਰ ਸਫਲਤਾ ਨਾ ਮਿਲੀ। ਗੁਰੂ ਅਰਜਨ ਪਾਤਸ਼ਾਹ ਵਲ ਸਿੱਖਾਂ ਨੇ ਵਹੀਰਾਂ ਘਤ ਲਈਆਂ। ਪ੍ਰਿਥੀ ਚੰਦ ਦਾ ਵਿਰੋਧ ਹੋਰ ਵੀ ਤੇਜ਼ ਹੋ ਗਿਆ। ਪ੍ਰਿਥੀ ਚੰਦ ਨੇ ਸੁਲਹੀ ਖ਼ਾਨ ਜੋ ਉਸ ਦਾ ਦੋਸਤ ਅਤੇ ਬਾਦਸ਼ਾਹ ਅਕਬਰ ਦਾ ਮੁਲਾਜ਼ਮ ਸੀ, ਨੂੰ ਗੁਰੂ ਅਰਜਨ ਦੇਵ ਜੀ ਨੂੰ ਡਰਾਉਣ ਲਈ ਮਨਾ ਲਿਆ। ਉਹ ਪ੍ਰਿਥੀ ਚੰਦ ਦੇ ਚੁੱਕਣ ਉਤੇ ਕਰ ਵਸੂਲਣ ਦੇ ਬਹਾਨੇ ਅੰਮ੍ਰਿਤਸਰ ਵਲ ਵਧਿਆ। ਰਾਤ ਉਹ ਪ੍ਰਿਥੀ ਚੰਦ ਕੋਲ ਰੁਕ ਗਿਆ। ਪਰ ਸਵੇਰੇ ਪ੍ਰਿਥੀ ਚੰਦ ਦੇ ਭੱਠੇ ਦੀ ਅੱਗ ਵਿਚ ਸੜ ਕੇ ਮਰ ਗਿਆ। ਸੁਲਹੀ ਖ਼ਾਨ ਦੇ ਮਰਨ ਨਾਲ ਪ੍ਰਿਥੀ ਚੰਦ ਨੂੰ ਬਹੁਤ ਤਕੜਾ ਧੱਕਾ ਵੱਜਿਆ। ਪਰ ਇਸ ਧੱਕੇ ਨੂੰ ਉਹ ਇਸ ਆਸ 'ਤੇ ਸਹਿਣ ਕਰ ਗਿਆ ਕਿ ਗੁਰੂ ਅਰਜਨ ਦੇਵ ਜੀ ਦੇ ਘਰ ਕੋਈ ਸੰਤਾਨ ਨਹੀਂ ਸੀ। ਇਸ ਕਰਕੇ ਗੁਰ-ਗੱਦੀ ਮੁੜ ਕੇ ਉਸ ਦੇ ਘਰ ਵਿਚ ਆ ਜਾਣ ਦੀ ਆਸ ਸੀ ਕਿਉਂਕਿ ਗੁਰੂ ਅਰਜਨ ਦੇਵ ਜੀ ਉਸ ਦੇ ਬੇਟੇ ਮਿਹਰਬਾਨ ਨੂੰ ਬਹੁਤ ਪਿਆਰ ਕਰਦੇ ਸਨ। ਪਰ ਉਸ ਦੀ ਇਸ ਆਸ ਤੋਂ ਉਸ ਵੇਲੇ ਬੂਰ ਝੜ ਗਿਆ ਜਦੋਂ 1595 ਈ. ਨੂੰ ਬਾਲ ਹਰਿਗੋਬਿੰਦ ਦਾ ਜਨਮ ਹੋ ਗਿਆ। ਪ੍ਰਿਥੀ ਚੰਦ ਲਈ ਇਹ ਅਸਹਿ ਸਦਮਾ ਸੀ। ਪ੍ਰਿਥੀ ਚੰਦ ਨੇ ਹੁਣ ਹਾਰੇ ਹੋਏ ਜੁਆਰੀਏ ਵਾਂਗ ਅੰਤਿਮ ਦਾਅ ਖੇਡਦਿਆਂ, ਦਾਈ ਰਾਹੀਂ ਬੱਚੇ ਨੂੰ ਜ਼ਹਿਰ ਦੇਣ ਦੀ ਕੋਸ਼ਿਸ਼ ਕੀਤੀ ਪਰ ਉਸ ਦੀ ਚਾਲ ਪੂਰੀ ਨਾ ਹੋਈ। ਸੱਪ ਤੋਂ ਡਸਾਉਣ ਦੀ ਕੋਸ਼ਿਸ਼ ਵੀ ਅਸਫਲ ਰਹੀ। ਦਹੀਂ ਵਿੱਚ ਜ਼ਹਿਰ ਪਾ ਕੇ ਖਵਾਉਣ ਲਈ ਰਸੋਈਏ ਨੂੰ ਵੱਢੀ ਦਿੱਤੀ ਪਰ ਬੱਚੇ ਨੂੰ ਹਾਨੀ ਨਾ ਹੋਈ ਸਗੋਂ ਰਸੋਈਆ ਸੂਲ ਹੋ ਕੇ ਮਰ ਗਿਆ। ਇਨ੍ਹਾਂ ਸਾਰੀਆਂ ਗੱਲਾਂ ਦਾ ਪਤਾ ਸਿੱਖ ਸੰਗਤ ਨੂੰ ਲੱਗ ਗਿਆ ਅਤੇ ਉਹ ਪ੍ਰਿਥੀ ਚੰਦ ਨੂੰ ਨਫਰਤ ਕਰਨ ਲੱਗੇ ਪਰ ਉਹ ਹਰਕਤਾਂ ਤੋਂ ਬਾਜ ਨਾ ਆਇਆ ਅਤੇ ਲਗਾਤਾਰ ਗੁਰੂ ਪਾਤਸ਼ਾਹ ਦੀ ਸ਼ਿਕਾਇਤ ਮੁਗਲ ਦਰਬਾਰੇ ਭੇਜਦਾ ਰਿਹਾ। ਅਕਬਰ ਤੱਕ ਉਸਦੀ ਕੋਈ ਚਾਲ ਸਫਲ ਨਾ ਹੋਈ ਪਰ ਜਹਾਂਗੀਰ ਦੇ ਗੱਦੀ 'ਤੇ ਬੈਠਣ ਨਾਲ ਸਮਾਂ ਉਸ ਵਲ ਤਬਦੀਲ ਹੋਣ ਲੱਗਾ। ਅਕਬਰ ਬਾਦਸ਼ਾਹ ਦੀ ਮੌਤ ਤੋਂ ਬਾਅਦ ਉਸ ਦੀ ਸਹਿਨਸ਼ੀਲਤਾ ਦੀ ਨੀਤੀ ਵੀ ਉਸ ਦੀ ਕਬਰ ਵਿੱਚ ਦਫਨ ਕਰ ਦਿੱਤੀ ਗਈ। ਉਸ ਦਾ ਵੱਡਾ ਬੇਟਾ ਸਲੀਮ ਜਹਾਂਗੀਰ ਦੇ ਲਕਬ ਨਾਲ ਰਾਜ ਗੱਦੀ 'ਤੇ ਬੈਠਾ। ਉਹ ਕੱਟੜ ਸੁੰਨੀ ਮੁਸਲਮਾਨ ਸੀ ਅਤੇ ਗੈਰ-ਧਰਮੀਆਂ ਨੂੰ ਸਖਤ ਨਫ਼ਰਤ ਕਰਦਾ ਸੀ। ਪਿਤਾ ਦੀ ਨਿਮਰਤਾ ਅਤੇ ਮਾਤਾ ਦੇ ਗੁਣ ਉਸਨੇ ਗ੍ਰਹਿਣ ਨਹੀਂ ਸਨ ਕੀਤੇ ਜਾਂ ਕਟੜਪੰਥੀ ਮੁਸਲਮਾਨਾਂ ਨੇ ਗ੍ਰਹਿਣ ਕਰਨ ਨਹੀਂ ਸਨ ਦਿੱਤੇ। ਉਸ ਦੇ ਮਨ ਵਿਚ ਕੁੱਟ-ਕੁੱਟ ਕੇ ਕਾਫਰਾਂ ਪ੍ਰਤੀ ਨਫ਼ਰਤ ਭਰ ਦਿੱਤੀ ਸੀ। ਇਸ ਲਈ ਉਸ ਨੇ ਆਪਣੀ ਧਾਰਮਿਕ ਨੀਤੀ ਅਜਿਹੀ ਬਣਾਈ ਜਿਹੜੀ ਗੈਰ-ਮੁਸਲਿਮ ਧਰਮੀਆਂ ਲਈ ਸਮੱਸਿਆ ਬਣਨੀ ਹੀ ਸੀ ਅਤੇ ਇਸ ਗੱਲ ਦਾ ਪ੍ਰਗਟਾਵਾ ਉਸ ਨੇ ਖ਼ੁਦ ਆਪਣੀ ਸਵੈ-ਜੀਵਨੀ ਤੁਜ਼ਕੇ-ਜਹਾਂਗੀਰੀ ਵਿਚ ਕੀਤਾ ਹੋਇਆ ਹੈ। ਉਹ ਲਿਖਦਾ ਹੈ: ''ਗੋਇੰਦਵਾਲ ਜੋ ਬਿਆਸ ਦਰਿਆ ਦੇ ਕੰਢੇ ਤੇ ਹੈ ਪੀਰ ਦਾ ਭੇਸ ਧਾਰ ਕੇ ਅਰਜਨ ਮਲ ਨਾਂ ਦਾ ਇਕ ਹਿੰਦੂ ਰਹਿੰਦਾ ਹੈ। ਉਸ ਨੇ ਆਪਣੇ ਤੌਰ- ਤਰੀਕਿਆਂ ਨਾਲ ਬਹੁਤ ਸਾਰੇ ਹਿੰਦੂਆਂ ਅਤੇ ਇਸਲਾਮ ਦੇ ਜਾਹਲ ਤੇ ਮੂਰਖ ਲੋਕਾਂ ਉਤੇ ਡੋਰੇ ਪਾ ਰੱਖੇ ਹਨ। ਉਸ ਨੇ ਮਹਾਨ ਅਧਿਆਤਮਕ ਅਤੇ ਸੰਸਾਰਿਕ ਨੇਤਾ ਹੋਣ ਦਾ ਢੌਂਗ ਰਚਾ ਰੱਖਿਆ ਹੈ। ਉਹ ਉਸ ਨੂੰ ਗੁਰੂ ਕਹਿੰਦੇ ਹਨ ਅਤੇ ਹਰ ਪਾਸੇ ਤੋਂ ਮੂਰਖ ਲੋਕ ਉਸ ਦੀ ਪੂਜਾ ਕਰਨ ਲਈ ਆਉਂਦੇ ਹਨ ਤੇ ਉਸ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕਰਦੇ ਹਨ। ਤਿੰਨ ਜਾਂ ਚਾਰ ਪੀੜ੍ਹੀਆਂ ਤੋਂ ਉਨ੍ਹਾਂ ਦੀ ਇਹ ਝੂਠ ਦੀ ਦੁਕਾਨ ਸਰਗਰਮ ਹੈ। ਬਹੁਤ ਚਿਰ ਤੋਂ ਮੇਰੇ ਮਨ ਵਿੱਚ ਇਹ ਵਿਚਾਰ ਆ ਰਿਹਾ ਹੈ ਕਿ ਇਸ ਝੂਠ ਦੀ ਦੁਕਾਨ ਨੂੰ ਬੰਦ ਕਰ ਦੇਵਾਂ ਜਾਂ ਇਸਲਾਮ ਦੇ ਝੰਡੇ ਥੱਲੇ ਲੈ ਆਵਾਂ।'' ਉਪਰੋਕਤ ਤੋਂ ਸਪਸ਼ਟ ਹੈ ਕਿ ਗੁਰੂ ਜੀ ਦਾ ਰਸੂਖ਼ ਬਹੁਤ ਵਧ ਰਿਹਾ ਸੀ। ਹਿੰਦੂ ਅਤੇ ਮੁਸਲਮਾਨ ਦੋਵੇਂ ਹੀ ਸਿੱਖ ਬਣ ਰਹੇ ਸਨ। ਇਸਲਾਮੀ ਰਾਜ ਵਿਚ ਮੁਸਲਮਾਨ ਦਾ ਧਰਮ ਬਦਲਣਾ ਬਹੁਤ ਵੱਡਾ ਗੁਨਾਹ ਹੈ, ਇਹ ਗੁਨਾਹ ਭਾਵੇਂ ਛੋਟੇ ਪੈਮਾਨੇ 'ਤੇ ਹੋਵੇ, ਗੁਰੂ ਪਾਤਸ਼ਾਹ ਕਰ ਰਹੇ ਸਨ। ਇਸ ਕਰਕੇ ਜਹਾਂਗੀਰ ਇਸ 'ਦੁਕਾਨ' ਨੂੰ ਬੰਦ ਕਰਨਾ ਚਾਹੁੰਦਾ ਸੀ, ਉਹ ਕੇਵਲ ਗੁਰੂ ਅਰਜਨ ਜੀ ਨੂੰ ਹੀ ਘਿਰਣਾ ਨਹੀਂ ਸੀ ਕਰਦਾ, ਸਗੋਂ ਚਾਰ ਪੀੜ੍ਹੀਆਂ ਤੋਂ ਚਲੀ ਆ ਰਹੀ ਗੁਰ-ਗੱਦੀ ਨੂੰ ਵੀ 'ਝੂਠ ਦੀ ਦੁਕਾਨ' ਸਮਝਦਾ ਸੀ। ਪਰ ਉਸ ਨੇ ਆਪਣੀ ਇਹ ਰਾਏ ਮੁੱਲਾਂ-ਮੁਲਾਣਿਆਂ ਜਾਂ ਗੁਰੂ-ਨਿੰਦਕਾਂ ਤੋਂ ਸੁਣ-ਸੁਣ ਕੇ ਹੀ ਬਣਾਈ ਸੀ। ਉਹ ਇਨ੍ਹਾਂ ਦੀਆਂ ਗੱਲਾਂ ਵਿੱਚ ਆਉਣ ਕਾਰਨ ਅੱਗ-ਬਬੂਲਾ ਹੋਈ ਫਿਰਦਾ ਸੀ ਅਤੇ ਅਜਿਹੇ ਮੌਕੇ ਦੀ ਉਡੀਕ ਵਿਚ ਸੀ ਜਦੋਂ ਉਹ ਗੁਰੂ ਸਾਹਿਬ ਨੂੰ ਇਸ ਦੀ ਬਣੀ ਸਜ਼ਾ ਦੇ ਸਕੇ। ਇਸਲਾਮ ਧਰਮ ਦੇ ਭਰਾਤਰੀ ਭਾਵ ਅਤੇ ਰੱਬੀ ਪਿਆਰ ਵਰਗੇ ਸੰਦੇਸ਼ ਜਦੋਂ ਇਸਲਾਮੀ ਕੱਟੜਤਾ ਦੀ ਭੇਟ ਚੜ੍ਹ ਗਏ ਤਾਂ ਇਸ ਦੇ ਵਿਰੋਧ ਵਿਚ ਸੂਫੀਵਾਦ ਨਾਂ ਦੀ ਇਕ ਲਹਿਰ ਚੱਲੀ, ਜਿਸ ਨੇ ਕੱਟੜਤਾ ਦੀ ਹਨ੍ਹੇਰੀ ਨੂੰ ਠੱਲ੍ਹ ਪਾਉਣ ਦਾ ਯਤਨ ਕੀਤਾ। ਇਸ ਲਹਿਰ ਦਾ ਬਾਨੀ ਅਬੂ ਹਾਸ਼ਮ ਕੂਫੀ ਸੀ ਜੋ ਕੂਫ ਸ਼ਹਿਰ ਦਾ ਵਸਨੀਕ ਸੀ। ਇਸ ਲਹਿਰ ਦੇ ਪੈਰੋਕਾਰ ਹਰ ਮਜ਼੍ਹਬ, ਹਰ ਬੰਦੇ ਵਿਚ ਅੱਲ੍ਹਾ ਦੇ ਦੀਦਾਰੇ ਕਰਦੇ। ਹਿੰਦੁਸਤਾਨ ਦੀ ਧਰਤੀ 'ਤੇ ਇਹ ਲਹਿਰ ਨੌਵੀਂ ਸਦੀ ਤਕ ਪਹੁੰਚੀ। ਪਰ ਇੱਥੇ ਪਹੁੰਚਣ ਤਕ ਇਹ ਲਹਿਰ ਕਈ ਹਿੱਸਿਆਂ ਵਿਚ ਵੰਡੀ ਗਈ ਸੀ। ਜਿਨ੍ਹਾਂ ਨੂੰ ਸਿਲਸਲੇ ਦਾ ਨਾਂ ਦਿੱਤਾ ਗਿਆ ਸੀ। ਇਨ੍ਹਾਂ ਵਿਚ ਪ੍ਰਮੁੱਖ ਸਿਲਸਿਲੇ ਸਨ ਸੁਹਰਾਵਰਦੀ, ਚਿਸ਼ਤੀ, ਕਾਦਰੀ ਅਤੇ ਨਕਸ਼ਬੰਦੀ। ਇਨ੍ਹਾਂ ਸਿਲਸਿਲਿਆਂ ਦੇ ਸਿੱਖ ਧਰਮ ਨਾਲ ਪਿਆਰ ਅਤੇ ਵਿਰੋਧ ਵਾਲੇ ਦੋਵੇਂ ਸਬੰਧ ਰਹੇ ਹਨ। ਚਿਸ਼ਤੀ ਸਿਲਸਿਲੇ ਦੇ ਦੈਵੀ ਫਕੀਰ ਬਾਬਾ ਫਰੀਦ ਜੀ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਹਿੱਸਾ ਹੈ। ਕਾਦਰੀ ਸਿਲਸਿਲੇ ਦੇ ਫਕੀਰ ਸਾਈਂ ਮੀਆਂ ਮੀਰ ਨੇ ਗੁਰੂ ਪੰਚਮ ਪਾਤਸ਼ਾਹ ਦੇ ਹੁਕਮਾਂ ਨਾਲ ਹਰਿਮੰਦਰ ਸਾਹਿਬ ਦੀ ਨੀਂਹ ਹੀ ਨਹੀਂ ਸੀ ਰੱਖੀ ਸਗੋਂ ਜਹਾਂਗੀਰ ਦੁਆਰਾ ਸ੍ਰੀ ਗੁਰੂ ਅਰਜਨ ਪਾਤਸ਼ਾਹ 'ਤੇ ਕੀਤੇ ਜ਼ੁਲਮਾਂ ਕਰਕੇ ਉਸ ਨੂੰ ਹਮੇਸ਼ਾ ਹਮੇਸ਼ਾ ਲਈ ਦੁਰਕਾਰ ਵੀ ਦਿੱਤਾ ਸੀ। ਪਰ ਨਕਸ਼ਬੰਦੀ ਸਿਲਸਿਲੇ ਦਾ ਰੋਲ ਬਹੁਤ ਹੀ ਨਾਂਹ- ਪੱਖੀ ਸੀ ਅਤੇ ਇਸ ਸਿਲਸਿਲੇ ਨੇ ਪੰਚਮ ਪਾਤਸ਼ਾਹ ਹਜ਼ੂਰ ਅਤੇ ਨੌਵੇਂ ਪਾਤਸ਼ਾਹ ਹਜ਼ੂਰ ਦੀ ਸ਼ਹਾਦਤ ਲਈ ਅਹਿਮ ਭੂਮਿਕਾ ਨਿਭਾ ਕੇ ਸਿੱਖ ਇਤਿਹਾਸ ਵਿਚ ਆਪਣੇ-ਆਪ ਨੂੰ ਹਮੇਸ਼ਾ ਲਈ ਕਲੰਕਤ ਕਰ ਲਿਆ ਸੀ। ਸਮੁੱਚੀ ਸਿੱਖ ਕੌਮੀਅਤ ਅੱਜ ਬਾਬਾ ਫਰੀਦ ਅਤੇ ਸਾਈਂ ਮੀਆਂ ਮੀਰ ਨੂੰ ਨਤਮਸਤਕ ਕਰਦੀ ਹੈ ਪਰ ਨਕਸ਼- ਬੰਦੀ ਸਿਲਸਲੇ ਪ੍ਰਤੀ ਨਫਰਤ ਉਨ੍ਹਾਂ ਦੇ ਮਨ ਦਾ ਹਿੱਸਾ ਹੋ ਚੁੱਕੀ ਹੈ। ਨਕਸ਼ਬੰਦੀ ਸਿਲਸਿਲੇ ਨੇ ਸੂਫੀਵਾਦ ਦੇ ਨਿਮਰਤਾ ਅਤੇ ਪਿਆਰ ਦੇ ਗੁਣਾਂ ਨੂੰ ਤਿਲਾਂਜਲੀ ਦੇ ਦਿੱਤੀ ਅਤੇ ਕੱਟੜਤਾ ਨੂੰ ਹੀ ਆਪਣਾ ਧਰਮ ਪ੍ਰਵਾਨ ਕਰ ਲਿਆ ਸੀ। ਆਪਣੀ ਕੱਟੜਤਾ ਦੀ ਇਸ ਅਗਨੀ ਵਿਚ ਉਹ ਕੁੱਲ 'ਕਾਫਰਾਂ' ਨੂੰ ਫਨਾਹ ਕਰਨ ਹਿਤ ਤਾਕਤ ਲਈ ਅੱਲ੍ਹਾ ਅੱਗੇ ਅਰਜੋਈਆਂ ਵੀ ਕਰਦੇ ਸਨ ਅਤੇ ਹਾਕਮਾਂ ਨੂੰ ਗੈਰ ਧਰਮੀਆਂ ਨੂੰ ਖਤਮ ਕਰਨ ਦਾ ਸੰਦੇਸ਼ ਵੀ ਦਿੰਦੇ ਸਨ। ਨਫਰਤ ਦੇ ਇਸ ਕਰਮ ਦਾ ਸਿਖਰ ਸ਼ੇਖ ਅਹਿਮਦ ਸਰਹਿੰਦੀ ਦਾ ਵੇਲਾ ਸੀ। ਉਹ ਮੁਜ਼ੱਦਦ ਅਲਫਿਸਾਨੀ (ਹਜ਼ਾਰਾਂ ਯੁੱਗਾਂ ਦਾ ਸੁਧਾਰਕ) ਦਾ ਖਿਤਾਬ ਧਾਰਨ ਕਰਕੇ ਪਿਛਾਹਖਿਚੂ ਸ਼ਕਤੀਆਂ ਦਾ ਆਗੂ ਬਣ ਬੈਠਾ ਸੀ। ਉਸ ਦੀ ਇੱਛਾ ਸੀ ਕਿ ਸਭ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਮਾਮਲਿਆਂ ਦਾ ਨਿਪਟਾਰਾ ਪੁਰਾਤਨ ਸੁੰਨੀ ਅਸੂਲਾਂ ਅਨੁਸਾਰ ਕੀਤਾ ਜਾਵੇ। ਅਕਬਰ ਦਾ ਦੀਨ-ਈਲਾਹੀ, ਹਿੰਦੂਆਂ ਨਾਲ ਵਿਆਹ ਸਬੰਧ ਅਤੇ ਉਨ੍ਹਾਂ ਦੇ ਤਿਥਾਂ ਤਿਉਹਾਰਾਂ ਵਿਚ ਉਸ ਦੀ ਸ਼ਮੂਲੀਅਤ ਨੂੰ ਉਹ ਇਸਲਾਮ ਵਾਸਤੇ ਖਤਰਾ ਤਸੱਵਰ ਕਰਦਾ ਸੀ। ਇਕ ਅਜਿਹਾ ਖਤਰਾ ਜੋ ਇਲਸਾਮੀ ਰਾਜ ਅਤੇ ਇਸਲਾਮੀ ਧਰਮ ਨੂੰ ਹਿੰਦੁਸਤਾਨ ਵਿਚੋਂ ਖਤਮ ਕਰ ਸਕਦਾ ਸੀ। ਸ਼ੇਖ ਅਹਿਮਦ ਸਰਹਿੰਦੀ ਲਿਖਦਾ ਹੈ: ਕਾਫਰਾਂ ਨੂੰ ਸਮਾਜ ਵਿਚ ਸ਼ਾਮਲ ਕਰਨਾ, ਆਪਣੇ ਨਾਲ ਬਠਾਉਣਾ ਤੇ ਇਨ੍ਹਾਂ ਨਾਲ ਗੱਲਬਾਤ ਕਰਨਾ ਵੀ ਇਕ ਤਰ੍ਹਾਂ ਨਾਲ ਉਨ੍ਹਾਂ ਦੀ ਇੱਜ਼ਤ ਕਰਨ ਦੇ ਤੁੱਲ ਹੈ, ਜੋ ਨਹੀਂ ਹੋਣੀ ਚਾਹੀਦੀ। ਸੱਚ ਤਾਂ ਇਹ ਹੈ ਕਿ ਇਨ੍ਹਾਂ ਕਾਫਰਾਂ ਨੂੰ ਕੁੱਤਿਆਂ ਦੀ ਤਰ੍ਹਾਂ ਦੂਰੇ-ਦੂਰੇ ਕਰਦੇ ਰਹਿਣਾ ਚਾਹੀਦਾ ਹੈ। ਸ੍ਰੀ ਗੁਰੂ ਅਰਜਨ ਪਾਤਸ਼ਾਹ ਵੇਲੇ ਪੰਜਾਬ ਦੀ ਸਾਰੀ ਧਰਤੀ 'ਤੇ 'ਗੁਰ ਮਹਿਮਾ ਦਾ ਗਾਇਨ' ਸੀ। ਸਿੱਖ ਧਰਮ ਦਾ ਪ੍ਰਭਾਵ ਇੱਥੋਂ ਤਕ ਵੱਧ ਗਿਆ ਕਿ ਪੰਜਾਬੀ ਮਾਨਸਿਕਤਾ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ 'ਸੱਚੇ ਪਾਤਸ਼ਾਹ' ਵਜੋਂ ਪ੍ਰਵਾਨ ਕਰ ਲਿਆ ਸੀ। ਇਹ ਸਮਾਂ ਸੀ ਜਦੋਂ ਗੁਰੂ ਸਾਹਿਬ ਦੀ ਅਗਵਾਈ ਵਿਚ ਸਿੱਖਾਂ ਦੀ ਗਿਣਤੀ ਬੜੀ ਤੇਜ਼ੀ ਨਾਲ ਵੱਧਣ ਲਗ ਪਈ। ਇਸ ਲੋਕ ਪਿਆਰ ਨੇ ਗੁਰੂਘਰ ਪ੍ਰਤੀ ਈਰਖਾ ਅਤੇ ਸਾੜੇ ਦੀ ਭਾਵਨਾ ਵੀ ਭਰ ਦਿੱਤੀ ਸੀ। ਇਸਲਾਮੀ ਰਾਜ ਵਿਚ ਕਾਫਰ ਧਰਮ ਦਾ ਪ੍ਰਕਾਸ਼ ਨਕਸ਼ਬੰਦੀਆਂ ਲਈ ਕਿਆਮਤ ਦੇ ਦਿਨਾਂ ਵਰਗਾ ਸੀ। ਪਰ ਅਕਬਰ ਦੀ ਨੀਤੀ ਕਾਰਨ ਉਹ ਕੁਝ ਵੀ ਕਰਨ ਤੋਂ ਅਸਮਰਥ ਸਨ। 1605 ਈਸਵੀ ਨੂੰ ਹਿੰਦੁਸਤਾਨ ਦੇ ਬਾਦਸ਼ਾਹ ਅਕਬਰ ਦੀ ਮੌਤ ਹੋ ਜਾਂਦੀ ਹੈ ਅਤੇ ਜਹਾਂਗੀਰ ਗੱਦੀ-ਨਸ਼ੀਨ ਹੁੰਦਾ ਹੈ। ਜਹਾਂਗੀਰ ਨਕਸ਼ਬੰਦੀਆਂ ਦੇ ਪ੍ਰਭਾਵ ਹੇਠ ਸੀ ਕਿਉਂਕਿ ਗੱਦੀ ਹਾਸਲ ਕਰਨ ਵਿਚ ਨਕਸ਼ਬੰਦੀਆਂ ਨੇ ਅਹਿਮ ਰੋਲ ਅਦਾ ਕੀਤਾ ਸੀ। ਇਸ ਲਈ ਇਨ੍ਹਾਂ ਦੇ ਪ੍ਰਭਾਵ ਨੂੰ ਗ੍ਰਹਿਣ ਕਰਦਿਆਂ ਉਸ ਨੇ ਕੱਟੜਪੁਣੇ ਦੀ ਤਲਵਾਰ ਨੂੰ ਤੇਜ਼ ਕਰ ਦਿੱਤਾ। ਸਿੱਟੇ ਵਜੋਂ ਉਨ੍ਹਾਂ ਸਾਰੇ ਲੋਕਾਂ ਦੇ ਚਿਹਰੇ 'ਤੇ ਮੁਸਕਾਨ ਆ ਗਈ ਸੀ ਜਿਹੜੇ ਸਿੱਖ ਧਰਮ ਦੀ ਵਧਦੀ ਲਹਿਰ ਦੇ ਵਿਰੋਧੀ ਸਨ ਅਤੇ ਇਨ੍ਹਾਂ ਵਿੱਚ ਸਭ ਤੋਂ ਵੱਡੀ ਭੂਮਿਕਾ ਨਕਸ਼ਬੰਦੀ ਸਿਲਸਿਲਾ ਨਿਭਾਅ ਰਿਹਾ ਸੀ। ਉਸ ਨੇ ਹੁਣ ਸਿੱਖ ਧਰਮ ਨੂੰ ਤਕੜੇ ਹੱਥੀਂ ਨਜਿੱਠਣ ਦਾ ਮਨ ਬਣਾਇਆ ਅਤੇ ਇਸਲਾਮਕ ਫਤਵਿਆਂ ਨੂੰ ਆਪਣੀ ਰੰਗਤ ਦੇ ਕੇ ਸ਼ਾਹੀ ਫੁਰਮਾਨ ਵਜੋਂ ਜਾਰੀ ਕਰਵਾਉਣ ਵਿਚ ਸਫਲ ਹੋ ਗਿਆ। ਇਕ ਫਤਵਾ ਉਦਾਹਰਣ ਲਈ ਪੇਸ਼ ਹੈ: ਅੱਲ੍ਹਾ ਬਿਨਾਂ ਹੋਰ ਕੋਈ ਖੁਦਾ ਨਹੀਂ ਅਤੇ ਮੁਹੰਮਦ ਸਾਹਿਬ ਹੀ ਅੱਲ੍ਹਾ ਦਾ ਸੁਨੇਹਾ ਦੇਣ ਵਾਲਾ ਪੈਗੰਬਰ ਹੈ। ਇਸ ਕਲਮੇ 'ਤੇ ਯਕੀਨ ਰੱਖਣ ਵਾਲਾ ਮੋਮਿਨ (ਇਮਾਨਵਾਲਾ) ਅਤੇ ਇਸ ਨੂੰ ਨਾ ਮੰਨਣ ਵਾਲਾ ਕਾਫ਼ਰ (ਨਾਸਤਕ) ਹੈ। ਅੱਲਾਹ ਦੀ ਸ਼ਾਨ ਨੂੰ ਰੁਸ਼ਨਾਉਣ ਲਈ ਮੋਮਿਨ ਦਾ ਫਰਜ਼ ਹੈ ਕਿ ਉਹ ਕਾਫ਼ਰਾਂ ਦੀ ਹਥਿਆਰਬੰਦ (ਦਾਰੁਲਾ ਹਰਬ) ਦੁਨੀਆਂ ਨੂੰ ਸ਼ਾਂਤੀ ਦੀ ਦੁਨੀਆਂ (ਦਾਰੁਲ-ਇਸਲਾਮ) ਵਿਚ ਤਬਦੀਲ ਕਰਨ ਲਈ ਧਰਮ ਯੁੱਧ (ਜਹਾਦ) ਕਰਨ। ਸਪਸ਼ਟ ਹੈ ਕਿ ਸਿੱਖ ਧਰਮ ਦੀ ਹਰਮਨਪਿਆਰਤਾ ਉਸ ਲਈ ਕਿਵੇਂ ਅਸਹਿ ਹੋ ਰਹੀ ਸੀ। ਇੱਥੋਂ ਤਕ ਕਿ ਉਹ ਕਾਦਰੀ ਸਿਲਸਿਲੇ ਦੇ ਉਸ ਵੇਲੇ ਦੇ ਮੁਖੀ ਨੂੰ ਵੀ ਸਖਤ ਨਫ਼ਰਤ ਦੀ ਨਿਗਾਹ ਨਾਲ ਵੇਖਦਾ ਸੀ ਕਿਉਂਕਿ ਉਹ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਰੱਬੀ ਰੂਹ ਦੇ ਤੌਰ 'ਤੇ ਮਾਨਤਾ ਦਿੰਦਾ ਸੀ। ਜਹਾਂਗੀਰ ਨਕਸ਼ਬੰਦੀ ਸਕੂਲ ਦੇ ਬੇਹੱਦ ਪ੍ਰਭਾਵ ਵਿਚ ਸੀ। ਇਸ ਕਰਕੇ ਸਪਸ਼ਟ ਸੀ ਕਿ ਨਕਸ਼ਬੰਦੀ ਸਿਲਸਿਲਾ ਹੁਣ ਸਿੱਖ ਧਰਮ ਲਈ ਸਮੱਸਿਆਵਾਂ ਖੜੀਆਂ ਕਰਨ ਦੀ ਕੋਸ਼ਿਸ਼ ਕਰੇਗਾ। ਖੁਸਰੋ ਜਹਾਂਗੀਰ ਦਾ ਸਭ ਤੋਂ ਵੱਡਾ ਬੇਟਾ ਸੀ ਅਤੇ ਆਪਣੇ ਦਾਦੇ ਅਕਬਰ ਵਾਂਗ ਬੇਹੱਦ ਸਹਿਨਸ਼ੀਲ ਮਨੁੱਖ ਸੀ। ਪਰ ਇਹ ਸਹਿਨਸ਼ੀਲਤਾ ਉਸ ਲਈ ਸਮੱਸਿਆ ਬਣ ਗਈ, ਅਕਬਰ ਜਦੋਂ ਬਿਮਾਰੀ ਦੀ ਹਾਲਤ ਵਿਚ ਮੌਤ ਦੀਆਂ ਘੜੀਆਂ ਗਿਣ ਰਿਹਾ ਸੀ ਤਾਂ ਉਸ ਦੀ ਪ੍ਰਬਲ ਇੱਛਾ ਸੀ ਕਿ ਰਾਜਗੱਦੀ ਉਸ ਦੇ ਪੁੱਤਰ ਦੀ ਥਾਂ ਪੋਤਰੇ ਨੂੰ ਦਿੱਤੀ ਜਾਵੇ, ਕਿਉਂਕਿ ਉਹ ਜਹਾਂਗੀਰ ਦੇ ਹਠੀ ਸੁਭਾਅ ਅਤੇ ਉਸ ਨਾਲ ਜੁੜੇ ਹੋਏ ਕਟੜਪੰਥੀ ਟੋਲੇ ਦੀਆਂ ਚਾਲਾਂ ਨੂੰ ਪੂਰੀ ਤਰ੍ਹਾਂ ਸਮਝਦਾ ਸੀ। ਉਸ ਦਾ ਇਹ ਅਟੱਲ ਵਿਸ਼ਵਾਸ ਸੀ ਕਿ ਹਿੰਦੋਸਤਾਨ ਵਿਚ ਸਦਾ ਲਈ ਮੁਗਲਈ ਹਕੂਮਤ ਦੀ ਸਥਾਪਨਾ ਲਈ ਸਖ਼ਤੀ ਦੀ ਨਹੀਂ ਪਿਆਰ ਦੀ ਲੋੜ ਹੈ ਅਤੇ ਅਜਿਹੇ ਪਿਆਰ ਦੀ ਠੰਢੀ ਹਵਾ ਖੁਸਰੋ ਵਰਗਾ ਰਹਿਮਦਿਲ ਮਨੁੱਖ ਹੀ ਦੇ ਸਕਦਾ ਸੀ, ਜਹਾਂਗੀਰ ਨਹੀਂ। ਅਕਬਰ ਦੇ ਦਰਬਾਰ ਵਿਚ ਦੋ ਧਿਰਾਂ ਖੜੀਆਂ ਹੋ ਗਈਆਂ। ਜਿਨ੍ਹਾਂ ਵਿਚੋਂ ਕੁਝ ਜਹਾਂਗੀਰ ਦੀ ਪਿੱਠ 'ਤੇ ਸਨ ਅਤੇ ਕੁਝ ਖੁਸਰੋ ਦੀ 'ਤੇ। ਕੱਟੜਪੰਥੀਆਂ ਦੀ ਜਿੱਤ ਹੋਈ। ਅਕਬਰ ਦੀ ਮੌਤ ਦੇ ਨਾਲ ਹੀ ਜਹਾਂਗੀਰ ਹਿੰਦੁਸਤਾਨ ਦਾ ਬਾਦਸ਼ਾਹ ਘੋਸ਼ਿਤ ਕਰ ਦਿੱਤਾ। ਤਖ਼ਤ 'ਤੇ ਬੈਠਦਿਆਂ ਹੀ ਜਹਾਂਗੀਰ ਨੇ ਖੁਸਰੋ ਨੂੰ ਬਾਗੀ ਗਰਦਾਨ ਕੇ ਆਗਰੇ ਵਿਚ ਜੇਲ੍ਹ ਦੀਆਂ ਸਲਾਖਾਂ ਪਿਛੇ ਡੱਕ ਦਿੱਤਾ। ਇਕ ਦਿਨ ਖੁਸਰੋ ਨੇ ਬੇਨਤੀ ਕੀਤੀ ਕਿ ਉਹ ਆਪਣੇ ਦਾਦੇ ਦੀ ਕਬਰ 'ਤੇ ਸਿਜਦਾ ਕਰਨਾ ਚਾਹੁੰਦਾ ਹੈ। ਬੇਨਤੀ ਪਰਵਾਨ ਕਰ ਲਈ ਗਈ। ਖੁਸਰੋ ਜੇਲ੍ਹ ਵਿਚੋਂ ਬਾਹਰ ਆਇਆ ਅਤੇ ਆਪਣੇ ਪਿਤਾ ਵਿਰੁੱਧ ਬਗਾਵਤ ਦਾ ਐਲਾਨ ਕਰ ਦਿੱਤਾ। ਪਰ ਵਸੀਲਿਆਂ ਦੀ ਅਣਹੋਂਦ ਉਸ ਦੇ ਰਾਹ ਦਾ ਅੜਿੱਕਾ ਸੀ। ਉਸ ਨੇ ਮਨ ਬਣਾਇਆ ਕਿ ਅਫਗਾਨਿਸਤਾਨ ਪਹੁੰਚ ਕੇ ਤਾਕਤ ਇਕੱਠੀ ਕੀਤੀ ਜਾਵੇ ਤੇ ਜਹਾਂਗੀਰ ਨੂੰ ਗੱਦੀ ਤੋਂ ਲਾਹ ਕੇ ਅਕਬਰ ਵਰਗੇ ਉਦਾਰ ਸ਼ਾਸਨ ਦੀ ਬਹਾਲੀ ਕੀਤੀ ਜਾਵੇ। ਅਫਗਾਨਿਸਤਾਨ ਵੱਲ ਜਾਂਦੇ ਹੋਏ ਰਸਤੇ ਵਿਚ ਉਹ ਗੋਇੰਦਵਾਲ ਰੁਕਿਆ। ਗੁਰੂ ਸਾਹਿਬ ਕੋਲੋਂ ਅਸ਼ੀਰਵਾਦ ਲਿਆ, ਲੰਗਰ ਛਕਿਆ ਅਤੇ ਅੱਗੇ ਚਲ ਪਿਆ। ਪਰ ਜਲਦੀ ਹੀ ਜਹਾਂਗੀਰ ਦੀਆਂ ਫੌਜਾਂ ਨੇ ਉਸ ਨੂੰ ਘੇਰ ਲਿਆ, ਗ੍ਰਿਫਤਾਰ ਕੀਤਾ ਅਤੇ ਉਸ ਦੇ ਪਿਤਾ ਦੇ ਸਨਮੁਖ ਪੇਸ਼ ਕਰ ਦਿੱਤਾ। ਜਹਾਂਗੀਰ ਨੇ ਉਸ ਦੇ ਸਾਥੀਆਂ ਨੂੰ ਮੌਤ ਦੀ ਸਜ਼ਾ ਸੁਣਾਈ ਅਤੇ ਖੁਸਰੋ ਨੂੰ ਅੰਨਿਆਂ ਕਰ ਹਮੇਸ਼ਾ ਹਮੇਸ਼ਾ ਲਈ ਆਗਰੇ ਦੇ ਕਿਲੇ ਵਿਚ ਸੁੱਟ ਦੇਣ ਦਾ ਹੁਕਮ ਕੀਤਾ। ਜਹਾਂਗੀਰ ਨੂੰ ਜਦੋਂ ਇਸ ਗੱਲ ਦਾ ਪਤਾ ਲੱਗਾ ਕਿ ਖੁਸਰੋ ਗੋਇੰਦਵਾਲ ਰੁਕਿਆ ਤੇ ਗੁਰੂ ਸਾਹਿਬ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ ਸੀ ਤਾਂ ਉਸ ਦੇ ਗੁੱਸੇ ਦੀ ਸੀਮਾ ਸਾਰੀਆਂ ਹੱਦਾਂ ਪਾਰ ਕਰ ਗਈ। ਉਸ ਨੇ ਤੁਰੰਤ ਗੁਰੂ ਸਾਹਿਬ ਦੀ ਗ੍ਰਿਫਤਾਰੀ ਦੇ ਹੁਕਮ ਜਾਰੀ ਕਰ ਦਿੱਤੇ। ਇਸ ਗੱਲ ਦਾ ਪ੍ਰਗਟਾਵਾ ਉਹ ਖੁਦ ਆਪਣੇ ਸਵੈ-ਜੀਵਨੀ ਵਿੱਚ ਕਰਦਾ ਹੋਇਆ ਲਿਖਦਾ ਹੈ: ਉਹ ਫਕੀਰ ਮਨੁੱਖ ਨੇ ਖੁਸਰੋ ਨੂੰ ਪਨਾਹ ਦਿੱਤੀ। ਉਸ ਨੂੰ ਪੰਜ ਹਜ਼ਾਰ ਰੁਪਇਆ ਸਹਾਇਤਾ ਵਜੋਂ ਦਿੱਤਾ ਅਤੇ ਉਸ ਦੇ ਮੱਥੇ 'ਤੇ ਕੇਸਰ ਦਾ ਟਿਕਾ ਲਗਾਇਆ, ਜਿਸਨੂੰ ਹਿੰਦੁਸਤਾਨ ਦੀ ਧਰਤੀ 'ਤੇ ਜਿੱਤ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਮੈਂ ਮੁਰਤਜਾ ਖਾਨ ਨੂੰ ਹੁਕਮ ਦਿੱਤਾ ਕਿ ਉਸ ਨੂੰ ਗ੍ਰਿਫਤਾਰ ਕਰਕੇ ਲਾਹੌਰ ਲਿਆਂਦਾ ਜਾਵੇ, ਉਸ ਦੀ ਸਾਰੀ ਜਾਇਦਾਦ ਜ਼ਬਤ ਕਰ ਲਈ ਜਾਵੇ ਅਤੇ ਉਸ ਨੂੰ ਤਸੀਹੇ ਦੇ ਕੇ ਮਾਰ ਦਿੱਤਾ ਜਾਵੇ।



# ਮਨੁੱਖੀ ਸਰੀਰ ਬਿਮਾਰ ਹੋਣ ਲਈ ਨਹੀਂ ਬਣਿਆ

ਡਾ. ਸ਼ਿਆਮ ਸੁੰਦਰ ਦੀਪਤੀ
98158-08506

ਕਿਸ ਤਰ੍ਹਾਂ ਲੱਗਦਾ ਹੈ ਇਹ ਸਿਰਲੇਖ। ਯਕੀਨ ਜਿਹਾ ਨਹੀਂ ਆ ਰਿਹਾ ਨਾ। ਕਾਰਨ ਹੈ ਕਿ ਸਾਡੇ ਕੋਲ ਨਾ ਆਪਣੀ, ਨਾ ਹੀ ਕਿਸੇ ਹੋਰ ਬਾਰੇ, ਅਜਿਹੀ ਉਦਾਹਰਨ ਹੈ, ਜੋ ਇਸ ਵਾਕ ਦੀ ਹਾਮੀ ਭਰ ਸਕੇ। ਠੀਕ ਹੋ ਤੁਸੀਂ। ਮੈਂ ਕਿਹਾ ਕਿ ਸਾਡਾ ਸਰੀਰ ਬਿਮਾਰ ਹੋਣ ਲਈ ਨਹੀਂ ਬਣਿਆ ਪਰ ਫਿਰ ਵੀ ਅਸੀਂ ਬਿਮਾਰ ਹੁੰਦੇ ਹਾਂ ਤਾਂ ਕਿਤੇ ਨਾ ਕਿਤੇ ਇਸ ਬਾਰੇ ਸਮਝਣ, ਵਿਚਾਰਨ ਅਤੇ ਪਰਖਣ ਦੀ ਲੋੜ ਹੈ ਕਿ ਕੀ ਇਹ ਟਿੱਪਣੀ ਸਹੀ ਹੈ ਤੇ ਫਿਰ ਨਾਲ ਹੀ ਇਹ ਪੱਖ ਤਲਾਸ਼ਣ ਦੀ ਵੀ ਕਿ ਤੰਦਰੁਸਤ ਕਿਵੇਂ ਬਣੇ ਰਹੀਏ। ਤੁਸੀਂ 50-60 ਸਾਲ ਤੋਂ ਪਹਿਲੇ ਦੇ ਦ੍ਰਿਸ਼ ਨਾਲ ਮੁਕਾਬਲਾ ਕਰਦੇ ਹੋ ਕਿ ਉਦੋਂ ਹਸਪਤਾਲਾਂ ਦੀ ਗਿਣਤੀ ਤੇ ਹੁਣ ਕਿੰਨਾ ਵੱਡਾ ਫ਼ਰਕ ਹੈ। ਸਰਕਾਰ, ਚਲੋ ਆਪਣੇ ਵਿੱਤ ਅਤੇ ਹਿੱਤ ਮੁਤਾਬਕ ਕੰਮ ਕਰਦੀ ਹੈ ਪਰ ਪ੍ਰਾਈਵੇਟ ਹਸਪਤਾਲ, ਨਿੱਜੀ ਅਤੇ ਕਾਰਪੋਰੇਟ ਇਕ ਲੜੀ ਹੀ ਹੈ ਜਿਵੇਂ ਅਪੋਲੋ, ਫੋਰਟਿਸ, ਮੈਕਸ, ਆਈਵੀ ਆਦਿ। ਮਤਲਬ ਸਾਫ਼ ਹੈ ਕਿ ਬਿਮਾਰ ਵੀ ਵਧੇ ਹਨ ਤੇ ਬਿਮਾਰੀਆਂ ਵੀ। ਇਸ ਬਾਰੇ ਇਕ ਦਲੀਲ ਦਿੱਤੀ ਜਾਂਦੀ ਹੈ ਕਿ ਬਿਮਾਰੀਆਂ ਤਾਂ ਪਹਿਲਾਂ ਵੀ ਸੀ ਪਰ ਚੁਪਚੁਪੀਤੀਆਂ, ਹੁਣ ਟੈਸਟਾਂ ਅਤੇ ਮਸ਼ੀਨਾਂ ਨਾਲ ਛੇਤੀ ਪਕੜ ਵਿਚ ਆ ਜਾਂਦੀਆਂ ਹਨ ਤੇ ਨਾਲ ਹੀ ਸਹੂਲਤਾਂ ਵੀ ਵੱਧ ਹਨ।

ਇਕ ਪੱਖ ਇਹ ਹੈ ਕਿ ਪੰਜਾਹ-ਸੱਠ ਸਾਲ ਪਹਿਲਾਂ ਜਰਮਾਂ ਨਾਲ ਹੋਣ ਵਾਲੀਆਂ ਬਿਮਾਰੀਆਂ (ਇਨਫੈਕਸ਼ਨ) ਪੇਟ ਸਮੱਸਿਆ ਬਿਮਾਰੀਆਂ ਵੱਧ ਸੀ, ਹੁਣ ਸ਼ੂਗਰ, ਬੀਪੀ, ਕੈਂਸਰ ਵਰਗੀਆਂ ਬਿਮਾਰੀਆਂ ਵੱਧ ਹਨ। ਇਸ ਬਾਰੇ ਮੱਤ ਹੈ ਕਿ ਇਹ ਪਹਿਲਾਂ ਵੀ ਸੀ ਪਰ ਇਨਫੈਕਸ਼ਨ ਵੱਲ ਧਿਆਨ ਵੱਧ ਸੀ। ਹੁਣ ਉਹ ਕਾਬੂ ਹੇਠ ਹਨ ਤੇ ਇਹ ਮੂਹਰੇ ਆ ਗਈਆਂ ਹਨ।

ਚਲੋ! ਇਹ ਵੀ ਮੰਨ ਲੈਂਦੇ ਹਾਂ ਪਰ ਮੈਨੂੰ ਯਾਦ ਹੈ ਚਾਲੀ ਸਾਲ ਪਹਿਲਾਂ, ਬਲੱਡ ਪ੍ਰੈਸ਼ਰ ਦਾ ਕੋਈ ਟਾਵਾਂ ਮਰੀਜ਼ ਹੀ 50-55 ਸਾਲ ਦੀ ਉਮਰ ਤੋਂ ਹੇਠਾਂ ਦਾ ਹੁੰਦਾ ਸੀ ਤੇ ਹੁਣ 30-35 ਸਾਲ 'ਤੇ ਹੀ ਆ ਰਹੇ ਹਨ। ਇਹ ਤਕਰੀਬਨ 25 ਸਾਲ ਥੱਲੇ ਕਿਵੇਂ ਖਿਸਕ ਆਈ।

ਕਹਿਣ ਦਾ ਮਤਲਬ ਹੈ ਕਿ ਇਹ ਗੱਲ ਸਮਝਣ ਦੀ ਲੋੜ ਹੈ ਕਿ ਸਾਡੀ ਜੀਵਨ ਸ਼ੈਲੀ ਵਿਚ ਕੁਝ ਹੈ, ਜੋ ਬਿਮਾਰੀਆਂ ਨੂੰ ਪੈਦਾ ਕਰਦਾ ਹੈ ਤੇ ਹੁਣ ਸਗੋਂ ਉਸ ਦਾ ਪ੍ਰਭਾਵ ਵੱਧ ਰਿਹਾ ਹੈ। ਲੱਖਾਂ ਦੀ ਗਿਣਤੀ ਵਿਚ ਜੀਵ ਹਨ। ਚਲੋ ਸਾਰਿਆਂ ਦੀ ਗੱਲ ਨਹੀਂ ਕਰਦੇ। ਤੁਸੀਂ ਨਜ਼ਰ ਮਾਰੋ, ਹਸਪਤਾਲ ਕਿਹੜੇ ਜੀਵਾਂ ਲਈ ਹਨ। ਤੁਸੀਂ ਦੇਖੋਗੇ ਕਿ ਮਨੁੱਖਾਂ ਲਈ ਜਾਂ ਉਨ੍ਹਾਂ ਜਾਨਵਰਾਂ ਲਈ ਜੋ ਮਨੁੱਖ ਦੇ ਪਾਲਤੂ ਹਨ। ਜਿਵੇਂ ਗਾਂ, ਘੋੜਾ, ਕੁੱਤਾ, ਮੁਰਗੀਆਂ, ਸੂਰ, ਮੱਛੀ। ਕੀ ਇਸ ਤੋਂ ਇਲਾਵਾ ਹੋਰ ਜੀਵ ਬਿਮਾਰ ਨਹੀਂ ਪੈਂਦੇ ਜਾਂ ਉਨ੍ਹਾਂ ਦੀ ਦਵਾ-ਬੂਟੀ ਦੀ ਲੋੜ ਨਹੀਂ ਪੈਂਦੀ। ਇਸ ਸੰਦਰਭ ਵਿਚ ਇਹ ਗੱਲ ਪੂਰੇ ਯਕੀਨ ਨਾਲ ਕਹਿ ਸਕਦਾ ਹਾਂ ਕਿ ਜੋ ਜੀਵ ਮਨੁੱਖ ਦੇ ਸਾਏ ਹੇਠ, ਕੁਦਰਤ ਤੋਂ ਪਰੇ ਰਹਿੰਦੇ ਹਨ, ਓਹੀ ਬਿਮਾਰ ਪੈਂਦੇ ਹਨ।

ਮਤਲਬ ਸਪੱਸ਼ਟ ਹੈ ਕਿ ਅਸੀਂ ਕੁਦਰਤ ਨਾਲੋਂ ਆਪਣਾ ਰਿਸ਼ਤਾ ਤੋੜ ਲਿਆ ਹੈ। ਆਪਣੇ ਮੁਤਾਬਕ ਝੌਂਪੜੀਆਂ, ਮਹਿਲਾਂ ਨੂੰ ਆਪਣੇ ਰਹਿਣ-ਸਹਿਣ ਦੀ ਥਾਂ ਬਣਾਇਆ ਹੈ। ਵੈਸੇ ਮੈਂ ਫਿਰ ਕਹਿੰਦਾ ਹਾਂ ਕਿ ਸਾਡਾ ਸਰੀਰ ਬਿਮਾਰ ਹੋਣ ਲਈ ਨਹੀਂ ਬਣਿਆ।

**ਕੀ ਇਹ ਸਾਰੇ ਪੱਖ ਸਾਡੇ ਆਪਣੇ ਕਾਰ-ਵਿਹਾਰ ਤੋਂ ਪੈਦਾ ਹੋਏ, ਫੈਲਾਏ ਹੋਏ ਨਹੀਂ ਹਨ। ਅਸੀਂ ਕਦੇ ਸੰਜੀਦਗੀ ਨਾਲ ਇਨ੍ਹਾਂ ਨੂੰ ਸਿਹਤ ਦੇ ਪੱਖ ਤੋਂ ਵਿਚਾਰਿਆ ਹੀ ਨਹੀਂ। ਅਸੀਂ ਦਵਾਈਆਂ ਦੇ ਮਗਰ ਲੱਗ ਗਏ ਹਾਂ। ਅਸੀਂ ਵੀ ਖੁਸ਼ ਹਾਂ ਕਿ ਇਕ ਛੋਟੀ ਜਿਹੀ ਗੋਲੀ, ਇਕ ਘੁੱਟ ਪਾਣੀ, ਮਿੰਟ ਤੋਂ ਵੀ ਘੱਟ ਸਮਾਂ ਤੇ ਸਭ ਠੀਕ ਨਹੀਂ। ਇਹ'ਸਭ ਠੀਕ'ਵਾਲਾ ਨਤੀਜਾ ਖ਼ਤਰਨਾਕ ਹੈ**

ਤੁਸੀਂ ਬਿਮਾਰ ਪੈਂਦੇ ਹੋ, ਡਾਕਟਰ ਕੋਲ ਜਾਂਦੇ ਹੋ। ਡਾਕਟਰ ਕੀ ਕਹਿੰਦਾ ਹੈ? ਪੇਟ, ਫੇਫੜਿਆਂ ਜਾਂ ਗੁਰਦਿਆਂ ਵਿਚ ਨੁਕਸ ਹੈ ਤੇ ਦਵਾਈ ਲਿਖ ਦਿੰਦਾ ਹੈ। ਤੁਸੀਂ ਖਾਂਦੇ ਹੋ ਤੇ ਠੀਕ ਹੋ ਜਾਂਦੇ ਹੋ। ਫਿਰ ਦੋ ਕੁ ਮਹੀਨਿਆਂ ਬਾਅਦ ਉਸੇ ਜਾਂ ਕਿਸੇ ਹੋਰ ਬਿਮਾਰੀ ਨਾਲ। ਕਈ ਬਿਮਾਰੀਆਂ ਤਾਂ ਹੁਣ ਸਾਰੀ ਉਮਰ ਦਵਾਈ ਖਾਣ ਵਾਲੀਆਂ ਪੈਦਾ ਹੋਈਆਂ ਹਨ। ਜਿਵੇਂ ਸ਼ੂਗਰ, ਬੀਪੀ ਆਦਿ।

ਜ਼ਰਾ ਦਿਮਾਗ 'ਤੇ ਜ਼ੋਰ ਪਾ ਕੇ ਸੋਚਣਾ, ਕਦੇ ਤੁਹਾਡੇ ਡਾਕਟਰ ਨੇ ਕਿਹਾ ਹੈ ਕਿ ਤੁਸੀਂ ਵਾਰ-ਵਾਰ ਬਿਮਾਰ ਤਾਂ ਪੈਂਦੇ ਹੋ, ਕਿਉਂ ਜੋ ਤੁਹਾਡੀ ਸੁਰੱਖਿਆ ਪ੍ਰਣਾਲੀ (ਇਮਊਨ ਸਿਸਟਮ) ਕਮਜ਼ੋਰ ਹੈ। ਉਸ ਨੇ ਕਦੇ, ਬਿਮਾਰ ਦਾ ਇਲਾਜ ਕਰਦਿਆਂ, ਇਸ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਕੋਈ ਸਲਾਹ ਦਿੱਤੀ ਹੈ? ਨਹੀਂ ਦਿੱਤੀ! ਉਹ ਜੇ ਦੇਣਾ ਵੀ ਚਾਹੁੰਦਾ ਹੋਵੇ ਤਾਂ ਉਸ ਉਪਰ ਦਵਾਈ ਤੰਤਰ ਦਾ ਦਬਾਅ, ਉਸ ਨੂੰ ਇਹ ਕਰਨ ਵੱਲ ਜਾਣ ਨਹੀਂ ਦਿੰਦਾ।

ਸਾਡੇ ਸਰੀਰ ਦੀ ਸੁਰੱਖਿਆ ਪ੍ਰਣਾਲੀ ਕੋਲ ਹੋਰ ਪ੍ਰਣਾਲੀਆਂ ਵਾਂਗ ਇਕ ਪੂਰੀ ਵਿਵਸਥਾ ਹੈ। ਜਿਵੇਂ ਪਾਚਨ ਪ੍ਰਣਾਲੀ (ਖੁਰਾਕ ਨਾਲ ਜੁੜੀ) ਮੂੰਹ, ਪੇਟ, ਜਿਗਰ, ਆਂਤੜਾ, ਪੈਨਕਰੀਆਜ ਹੈ, ਉਸੇ ਤਰ੍ਹਾਂ ਸਰੀਰ ਦੀਆਂ ਅੰਦਰੋ-ਬਾਹਰੋਂ ਨੁਕਸਾਨ ਪਹੁੰਚਾਉਣ ਵਾਲੀਆਂ ਹਾਲਤਾਂ ਲਈ ਲੜਨ ਲਈ ਇਸ ਕੋਲ ਲਿੰਫੋਸਾਈਟ, ਟੀ-ਸੈੱਲ, ਬੀਡੀ-4 ਸੈੱਲ ਆਦਿ ਹਨ। ਇਹ ਬਾਹਰੀ ਜਰਮਾਂ, ਪ੍ਰਦੂਸ਼ਣ ਕਣਾਂ ਅਤੇ ਸਰੀਰ ਅੰਦਰ ਪੈਦਾ ਹੁੰਦੇ ਮਾਰੂ ਤੱਤਾਂ ਨਾਲ ਪੈਂਤੜਾ ਲੈਂਦੀ ਹੈ। ਇੱਥੋਂ ਤੱਕ ਕਿ ਬੁਢਾਪੇ ਵੱਲ ਲਿਜਾਣ ਵਾਲੀ ਕਿਰਿਆਵਾਂ ਨੂੰ ਵੀ ਠੱਲ੍ਹ ਪਾਉਂਦੀ ਹੈ। ਇਸ ਪ੍ਰਣਾਲੀ ਦੀ ਮਜ਼ਬੂਤੀ ਲਈ, ਮੋਟੇ ਤੌਰ 'ਤੇ ਜੇਕਰ ਚਾਰ-ਪੰਜ ਪੱਖਾਂ ਨੂੰ ਉਭਾਰਨਾ ਹੋਵੇ ਤਾਂ ਉਹ ਖੁਰਾਕ ਸਰੀਰਕ ਹਰਕਤ, ਆਪਸੀ ਮੇਲ-ਮਿਲਾਪ ਮਨ ਦੀ ਸਥਿਰਤਾ ਅਤੇ ਪ੍ਰਦੂਸ਼ਣ। ਇਨ੍ਹਾਂ ਦੇ ਸੂਖ਼ਮ ਪੱਖਾਂ ਤੋਂ ਵੀ ਗੱਲ ਹੋ ਸਕਦੀ ਹੈ, ਜੋ ਕਿ ਕਰਾਂਗੇ ਵੀ। ਤੁਸੀਂ ਇਨ੍ਹਾਂ ਪਹਿਲੂਆਂ 'ਤੇ ਸਰਸਰੀ ਜਿਹੀ ਨਜ਼ਰ ਮਾਰੋ ਕਿ ਕੀ ਸਾਡੀ ਖੁਰਾਕ ਕੁਦਰਤੀ ਹੈ? ਕੀ ਅਸੀਂ ਸਰੀਰਕ ਹਰਕਤ ਤੋਂ ਪ੍ਰਹੇਜ਼ੀ ਨਹੀਂ ਹੋ ਗਏ? ਸਮਾਜਿਕ ਮੇਲ-ਮਿਲਾਪ ਵਿਚ ਕਿੰਨਾ ਕੁ ਨਿੱਘ ਹੈ? ਮਨ ਕਿੰਨਾ ਕੁ ਸ਼ਾਂਤ ਹੈ ਤੇ ਪ੍ਰਦੂਸ਼ਣ? ਨਾਲੇ ਇਹ ਇਕ ਜਾਂ ਦੋ ਨਹੀਂ, ਸਾਰੇ ਹੀ ਮਹੱਤਵਪੂਰਨ ਹਨ ਤੇ ਸਾਰੇ ਹੀ ਚਾਹੁੰਦੇ ਹਨ।

ਕੀ ਇਹ ਸਾਰੇ ਪੱਖ ਸਾਡੇ ਆਪਣੇ ਕਾਰ-ਵਿਹਾਰ ਤੋਂ ਪੈਦਾ ਹੋਏ, ਫੈਲਾਏ ਹੋਏ ਨਹੀਂ ਹਨ। ਅਸੀਂ ਕਦੇ ਸੰਜੀਦਗੀ ਨਾਲ ਇਨ੍ਹਾਂ ਨੂੰ ਸਿਹਤ ਦੇ ਪੱਖ ਤੋਂ ਵਿਚਾਰਿਆ ਹੀ ਨਹੀਂ। ਅਸੀਂ ਦਵਾਈਆਂ ਦੇ ਮਗਰ ਲੱਗ ਗਏ ਹਾਂ। ਅਸੀਂ ਵੀ ਖੁਸ਼ ਹਾਂ ਕਿ ਇਕ ਛੋਟੀ ਜਿਹੀ ਗੋਲੀ, ਇਕ ਘੁੱਟ ਪਾਣੀ, ਮਿੰਟ ਤੋਂ ਵੀ ਘੱਟ ਸਮਾਂ ਤੇ ਸਭ ਠੀਕ ਨਹੀਂ। ਇਹ'ਸਭ ਠੀਕ'ਵਾਲਾ ਨਤੀਜਾ ਖ਼ਤਰਨਾਕ ਹੈ। ਦਵਾਈ ਕੋਈ ਵੀ ਹੈ, ਉਹ ਫੌਰੀ ਆਰਾਮ ਜ਼ਰੂਰ ਦੇ ਰਹੀ ਲੱਗਦੀ ਹੈ ਪਰ ਜੇ ਲਗਾਤਾਰ ਅੰਦਰ ਨੁਕਸਾਨ ਹੋ ਰਿਹਾ ਹੈ ਤਾਂ ਉਹ ਉਸ ਦਾ ਕੁਝ ਨਹੀਂ ਕਰ ਰਹੀ ਹੁੰਦੀ ਜਦੋਂ ਕਿ ਉਸ ਦੀ ਮੁਰੰਮਤ ਦੀ ਲੋੜ ਹੈ ਤੇ ਇਸ ਤਰ੍ਹਾਂ ਜੀਵਨ ਜਾਚ ਬਣਾਉਣ ਦੀ ਲੋੜ ਹੈ ਕਿ ਉਹ ਟੁੱਟ-ਭੱਜ ਫਿਰ ਨਾ ਹੋਵੇ। ਸਾਡੇ ਸਰੀਰ ਕੋਲ ਇਹ ਸਮਰੱਥਾ ਹੈ, ਜਿਸ ਬਾਰੇ ਗੱਲ ਜਾਰੀ ਰੱਖਾਂਗੇ। ਮੈਂ ਫਿਰ ਕਹਿੰਦਾ ਹਾਂ ਪੂਰੇ ਦਾਅਵੇ ਨਾਲ ਕਿ ਸਾਡਾ ਸਰੀਰ ਬਿਮਾਰ ਹੋਣ ਲਈ ਨਹੀਂ ਬਣਿਆ।



# ਕਾਰਪੋਰੇਟ ਜਗਤ ਤੇ ਭਾਰਤੀ ਨੌਜਵਾਨ

ਡਾਕਟਰ ਬਲਜਿੰਦਰ

ਅੱਜ-ਕੱਲ੍ਹ ਇਹ ਪ੍ਰਚਾਰ ਬਹੁਤ ਜ਼ੋਰ-ਸ਼ੋਰ ਨਾਲ ਹੋ ਰਿਹਾ ਹੈ ਕਿ ਪੰਜਾਬ ਨਾਲ ਤੁਅੱਲਕ ਰੱਖਣ ਵਾਲਾ ਇੱਕ ਸਿੱਖ ਸ਼ਖਸ ਅਜੇ ਬੰਗਾ ਸੰਸਾਰ ਬੈਂਕ ਦੇ ਪ੍ਰੈਜ਼ੀਡੈਂਟ ਦੇ ਅਹੁਦੇ 'ਤੇ ਬਿਰਾਜਮਾਨ ਹੋਣ ਜਾ ਰਿਹਾ ਹੈ। ਨਾਲ ਹੀ ਮੀਡੀਆ 'ਚ ਇਹ ਵੀ ਖਬਰਾਂ ਪ੍ਰਕਾਸ਼ਤ ਹੋ ਰਹੀਆਂ ਹਨ ਕਿ ਉਸ ਨੇ ਮਾਸਟਰਕਾਰਡ ਦੇ ਸੀਈਓ ਦੇ ਅਹੁਦੇ 'ਤੇ ਰਹਿੰਦਿਆਂ 2021 'ਚ 20.60 ਕਰੋੜ ਡਾਲਰ ਦੀ ਪੂੰਜੀ ਇਕੱਤਰ ਕੀਤੀ ਸੀ ਅਤੇ ਮਾਸਟਰਕਾਰਡ ਦਾ ਸੀਈਓ ਰਹਿੰਦਿਆਂ ਉਹ ਹਰ ਰੋਜ਼ ਦੇ 52 ਲੱਖ ਰੁਪਏ ਕਮਾਉਂਦਾ ਸੀ। ਸੋਸ਼ਲ ਮੀਡੀਆ 'ਤੇ ਕਈ ਅਜਿਹੀਆਂ ਪੋਸਟਾਂ ਵੀ ਪਾਈਆਂ ਗਈਆਂ ਹਨ ਜਿਨ੍ਹਾਂ 'ਚ ਸਿੱਖਾਂ ਦੇ ਧੀਆਂ-ਪੁੱਤਾਂ ਨੂੰ ਪੜ੍ਹ-ਲਿਖ ਕੇ ਅਜੇ ਬੰਗਾ ਵਰਗਾ ਬਣਨ ਦੀਆਂ ਨਸੀਹਤਾਂ ਦਿੱਤੀਆਂ ਜਾ ਰਹੀਆਂ ਹਨ। ਕਿਸੇ ਵੀ ਭਾਈਚਾਰੇ ਲਈ ਉਸ ਨਾਲ ਸਬੰਧਤ ਸ਼ਖ਼ਸ ਦਾ ਉੱਚੇ ਅਹੁਦੇ ਉਤੇ ਪਹੁੰਚਣਾ ਮਾਣ ਦਾ ਕਾਰਨ ਹੁੰਦਾ ਹੈ ਪਰ ਇਸ ਨਾਲ ਹੋਰ ਪੱਖਾਂ ਨੂੰ ਵੀ ਵਿਚਾਰਨਾ ਚਾਹੀਦਾ ਹੈ। ਗੱਲ ਇਕੱਲੇ ਅਜੇ ਬੰਗਾ ਦੀ ਨਹੀਂ ਹੈ ਬਲਕਿ ਪਿਛਲੇ ਅਰਸੇ ਦੌਰਾਨ ਕਿੰਨੀਆਂ ਹੀ ਬਹੁਕੌਮੀ ਕਾਰਪੋਰੇਸ਼ਨਾਂ ਦੇ ਸਿਖਰਲੇ ਅਹੁਦਿਆਂ 'ਤੇ ਭਾਰਤੀ ਮੂਲ ਦੇ ਤਕਨੀਕੀ ਤੇ ਵਿੱਤੀ ਮਾਹਰ ਅਤੇ ਬਿਜ਼ਨਸ ਮਾਹਰ ਬਿਰਾਜਮਾਨ ਹੋਏ ਹਨ। ਮਿਸਾਲ ਵਜੋਂ ਸੁੰਦਰ ਪਿਚੱਈ ਗੂਗਲ ਦਾ, ਇੰਦਰਾ ਅਰਵਿੰਦ ਕਰਿਸ਼ਨਾ ਆਈਬੀਐੱਮ ਦਾ, ਸ਼ਾਂਤਨੂੰ ਨਰਾਇਣ ਅਡੋਬ ਦਾ, ਪਰਾਗ ਅਗਰਵਾਲ ਅਕਤੂਬਰ ਤੱਕ ਟਵਿੱਟਰ ਦਾ ਹੈੱਡ ਰਿਹਾ ਅਤੇ ਸੱਤਿਆ ਨਡੇਲਾ ਮਾਈਕਰੋਸਾਫਟ ਦੇ ਸੀਈਓ ਦੇ ਅਹੁਦਿਆਂ 'ਤੇ ਰਹਿੰਦਿਆਂ ਇਨ੍ਹਾਂ ਬਹੁਕੌਮੀ ਕਾਰਪੋਰੇਸ਼ਨਾਂ ਦੀ ਸੇਵਾ ਕਰ ਰਹੇ ਹਨ। ਇੰਦਰਾ ਨੂਈ ਵੀ ਪੈਪਸੀਕੋ ਦੀ ਹੈੱਡ ਹੈ।

ਅਜਿਹੇ ਪ੍ਰਚਾਰ ਦੀ ਦੇਖਾ-ਦੇਖੀ ਮੱਧ-ਵਰਗੀ ਮਾਪੇ ਵੀ ਆਪਣੇ ਬੱਚਿਆਂ ਤੋਂ ਆਸ ਕਰਦੇ ਹਨ ਕਿ ਫਹੁੜਿਆਂ ਨਾਲ ਪੈਸੇ ਇਕੱਠੇ ਕਰਨ ਵਾਲੇ ਇਨ੍ਹਾਂ ਵਿਅਕਤੀਆਂ ਵਾਂਗ ਉਹ ਵੀ ਆਪਣੇ ਘਰਾਂ ਦੇ ਵਾਰੇ-ਨਿਆਰੇ ਕਰ ਦੇਣ। ਉਹ ਮਾਪੇ ਔਖੇ ਹੋ-ਹੋ ਕੇ ਆਪਣੇ ਬੱਚਿਆਂ ਨੂੰ ਮਹਿੰਗੀਆਂ ਟਿਊਸ਼ਨਾਂ 'ਤੇ ਭੇਜਦੇ ਹਨ ਅਤੇ ਨਾਲ ਹੀ ਉਨ੍ਹਾਂ ਬੱਚਿਆਂ ਨੂੰ ਜ਼ਿੰਦਗੀ 'ਚ ਉੱਚੇ ਮੁਕਾਮ ਹਾਸਲ ਕਰ ਲੈਣ ਲਈ ਲਗਾਤਾਰ ਹੀ ਸਟਰੈੱਸ 'ਚ ਰੱਖਦੇ ਹਨ ਅਤੇ ਕਈ ਵਾਰ ਅਜਿਹੇ ਦਬਾਅ ਬੱਚੇ ਸਹਿ ਨਹੀਂ ਸਕਦੇ ਅਤੇ ਖੁਦਕਸ਼ੀਆਂ ਵਰਗੇ ਗਲਤ ਕਦਮ ਵੀ ਪੁੱਟ ਲੈਂਦੇ ਹਨ।ਸੋਚਣ ਵਾਲੀ ਗੱਲ ਹੈ ਕਿ ਇਹ ਕੰਪਨੀਆਂ ਇਨ੍ਹਾਂ ਚੰਦ ਵਿਅਕਤੀਆਂ ਨੂੰ ਐਨੀਆਂ ਮੋਟੀਆਂ ਤਨਖਾਹਾਂ, ਭੱਤੇ ਅਤੇ ਸ਼ੇਅਰਾਂ ਦੇ ਰੂਪ 'ਚ ਐਨੇ ਪੈਸੇ ਕਿਉਂ ਅਦਾ ਕਰਦੀਆਂ ਹਨ? ਇਹ ਵਿਅਕਤੀ ਉਨ੍ਹਾਂ ਕੰਪਨੀਆਂ ਨੂੰ ਵਪਾਰਕ ਯੁੱਧਨੀਤੀਆਂ ਦੇ ਰੂਪ 'ਚ ਆਮ ਲੋਕਾਂ ਨੂੰ ਲੁੱਟਣ ਦੇ ਅਜਿਹੇ ਢੰਗ-ਤਰੀਕੇ ਸੁਝਾਉਂਦੇ ਹਨ ਜਿਹੜੇ ਲੋਕਾਂ ਨੂੰ ਪਤਾ ਹੀ ਨਹੀਂ ਲੱਗਣ ਦਿੰਦੇ ਕਿ ਉਨ੍ਹਾਂ ਦੀ ਲੁੱਟ ਕੀਤੀ ਜਾ ਰਹੀ ਹੈ। ਇਨ੍ਹਾਂ ਦੇ ਜ਼ਰੀਏ ਹੀ ਕੰਪਨੀਆਂ ਨੇ ਆਪਣੇ ਕੋਲ ਲੋਕਾਂ ਦਾ ਬੇਥਾਹ ਡਾਟਾ ਆਪਣੀ ਗ੍ਰਿਫ਼ਤ 'ਚ ਕੀਤਾ ਹੋਇਆ ਹੈ। ਇਹ ਇਨ੍ਹਾਂ ਕੰਪਨੀਆ ਦੇ ਹੈੱਡ ਹੀ ਹਨ ਜਿਹੜੇ ਕੰਪਨੀਆਂ ਦੇ ਅਜਿਹੇ ਗਗਨਚੁੰਬੀ ਮੁਨਾਫ਼ਿਆਂ ਦੇ ਗ੍ਰਾਫ ਨੂੰ ਹੋਰ ਉੱਚਾਈਆਂ ਤੱਕ ਲੈ ਕੇ ਜਾਣ ਦੀਆਂ 'ਘਤਿੱਤਾਂ' ਘੜਦੇ ਹਨ। ਇਹੀ ਤਾਂ ਉਹ 'ਮਹਾਨ' ਹਸਤੀਆਂ ਹਨ ਜਿਹੜੀਆਂ ਅਜਾਰੇਦਾਰੀ (ਮੋਨਪਲੀ) ਦੀ ਦੁਰਵਰਤੋਂ 'ਚ ਉਨ੍ਹਾਂ ਕੰਪਨੀਆਂ ਦੇ ਕਰਿੰਦੇ ਬਣਦੇ ਹਨ। ਇਹਦੇ 'ਚ ਕੋਈ ਵੀ ਰੌਲਾ ਨਹੀਂ ਹੈ ਕਿ ਇਹ ਕੰਪਨੀਆਂ ਆਪਣੀ ਅਜਾਰੇਦਾਰੀ ਦੇ ਸਿਰ 'ਤੇ ਅੰਨ੍ਹੇ ਮੁਨਾਫੇ ਕਮਾਉਂਦੀਆਂ ਹਨ ਅਤੇ ਲੋਕਾਂ ਦੇ ਇਕੱਤਰ ਕੀਤੇ ਡਾਟਾ ਬੇਸ 'ਤੇ ਉਨ੍ਹਾਂ ਨੂੰ ਭਰਮਾਉਂਦੀਆਂ ਹਨ। ਅਜੇ ਪਿੱਛੇ ਜਿਹੇ ਹੀ ਐਂਡਰਾਇਡ ਦੇ ਏਕਾਧਿਕਾਰ ਦੇ ਮਾਮਲੇ 'ਚ ਗੂਗਲ ਨੂੰ 2200 ਕਰੋੜ ਰੁਪਏ ਦਾ ਜੁਰਮਾਨਾ ਕੀਤਾ ਗਿਆ ਹੈ।

ਇਨ੍ਹਾਂ ਤੱਥਾਂ ਦੇ ਚਿੱਟੇ ਦਿਨ ਵਾਂਗ ਮੌਜੂਦ ਹੋਣ ਦੇ ਬਾਵਜੂਦ ਭਾਰਤੀ ਉਦੋਂ ਘਿਓ ਦੇ ਦੀਵੇ ਬਾਲਦੇ ਹਨ ਜਦੋਂ ਕਿਤੇ ਕੋਈ ਭਾਰਤੀ ਅਜਿਹੇ ਅਹੁਦੇ 'ਤੇ ਬਿਰਾਜਮਾਨ ਹੁੰਦਾ ਹੈ। ਸਾਨੂੰ ਇਹ ਕਦੀ ਵੀ ਨਹੀਂ ਭੁੱਲਣਾ ਚਾਹੀਦਾ ਕਿ ਇਸ ਤੋਂ ਪਹਿਲਾਂ ਵੀ ਡਾ. ਮਨਮੋਹਨ ਸਿੰਘ, ਮੌਂਟੇਕ ਸਿੰਘ ਆਹਲੂਵਾਲੀਆ ਤੇ ਰਘੂਰਮਨ ਵਰਗੇ ਭਾਰਤੀ ਸੰਸਾਰ ਬੈਂਕ ਦੇ ਸਿਖਰਲੇ ਅਹੁਦਿਆਂ 'ਤੇ ਬਿਰਾਜਮਾਨ ਰਹੇ ਹਨ ਅਤੇ ਅਮਰੀਕੀ ਅਗਵਾਈ ਵਾਲੇ ਆਰਥਿਕ ਪ੍ਰਬੰਧ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਾਡੇ ਦੇਸ਼ ਅੰਦਰ ਨਵਉਦਾਰਵਾਦੀ ਨੀਤੀਆਂ ਲਿਆਉਣ ਦੇ ਜ਼ਿੰਮੇਵਾਰ ਹਨ ਅਤੇ ਵਿੱਦਿਆ ਦੇ ਖੇਤਰ ਅੰਦਰ ਤਬਦੀਲੀਆਂ ਕਰਕੇ ਇਸਨੂੰ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਕਰਨ ਦੇ ਭਾਗੀਦਾਰ ਹਨ।

ਸੋ ਸਮਝਣ ਦੀ ਲੋੜ ਹੈ ਕਿ ਸੰਸਾਰ ਬੈਂਕ ਵਰਗੇ ਬਹੁ-ਕੌਮੀ ਅਦਾਰਿਆਂ ਅਤੇ ਬਹੁ ਕੌਮੀ ਕਾਰਪੋਰੇਸ਼ਨਾਂ ਦੇ ਮੁਖੀਆਂ ਵਜੋਂ ਇਹ ਚੰਦ ਵਿਅਕਤੀ ਆਪਣੇ ਮਾਲਕਾਂ ਦੇ ਹਿੱਤਾਂ ਦੀ ਰਾਖੀ ਹੀ ਕਰਨਗੇ ਨਾ ਕਿ ਆਮ ਮਿਹਨਤਕਸ਼ ਵਰਗ ਦੇ ਲੋਕਾਂ ਦੇ ਹਿੱਤਾਂ ਦਾ ਧਿਆਨ ਰੱਖਣਗੇ। ਪਿੱਛਾ ਭਾਵੇਂ ਇਨ੍ਹਾਂ ਦਾ ਭਾਰਤੀ ਹੋਵੇ ਪਰ ਉਨ੍ਹਾਂ ਦੀ ਵਫ਼ਾਦਾਰੀ ਤੇ ਹਿੱਤ ਹੀ ਹਨ ਜਿਨ੍ਹਾਂ ਦੇ ਬਲਬੂਤੇ ਇਨ੍ਹਾਂ ਦੇ ਕਿਰਦਾਰ ਨੂੰ ਅੰਗਿਆ ਜਾਣਾ ਚਾਹੀਦਾ ਹੈ। ਅਜੇ ਬੰਗਾ ਦੇ ਬਹਾਨੇ ਅਜਿਹੇ ਹੋਰਨਾਂ ਨੂੰ ਵੀ ਪਰਖ ਲਈਏ। ਇੰਗਲੈਂਡ ਦਾ ਮੌਜੂਦਾ ਪ੍ਰਧਾਨ ਮੰਤਰੀ ਰਿਸ਼ੀ ਸੂਨਕ ਨੂੰ ਭੋਰਾ ਵੀ ਦਰਦ ਨਹੀਂ ਹੋਣਾ ਜਦੋਂ ਉਹਨੇ ਭਾਰਤ ਵਿਰੋਧੀ ਕਿਸੇ ਵੀ ਨੀਤੀ ਫ਼ੈਸਲੇ 'ਤੇ ਦਸਤਖਤ ਕਰਨੇ ਹੋਣਗੇ। ਉਹਦੇ ਤੋਂ ਇਸ ਤੋਂ ਉਲਟ ਆਪਣੇ ਮੁਲਕ ਇੰਗਲੈਂਡ ਵਿਰੁੱਧ ਜਾ ਕੇ ਕੋਈ ਵੀ ਫੈਸਲਾ ਲਏ ਜਾਣ ਦੀ ਤਵੱਕੋਂ ਕਰਨਾ ਮਹਿਜ਼ ਖਾਮਖਿਆਲੀ ਹੋਵੇਗੀ।

ਸੰਸਾਰ ਬੈਂਕ ਦਾ ਮੁਖੀ ਬਣ ਕੇ ਬੰਗਾ ਲੋਕਾਂ ਲਈ ਕਿਹੋ ਜਿਹੀ ਖ਼ੁਸ਼ਹਾਲੀ ਲੈ ਕੇ ਆਉਂਦਾ ਹੈ ਇਸ ਬਾਰੇ ਇੱਥੇ ਬਹੁਤੀ ਚਰਚਾ ਦੀ ਲੋੜ ਨਹੀਂ ਲੱਗਦੀ। ਕਮਲਾ ਹੈਰਿਸ ਵੀ ਭਾਰਤੀ ਮੂਲ ਦੀ ਤਾਮਿਲਨਾਡੂ ਨਾਲ ਸਬੰਧਤ ਹੈ ਅਤੇ ਅਮਰੀਕਾ ਦੀ ਉਪ ਰਾਸ਼ਟਰਪਤੀ ਹੈ। ਪਰ ਪਿਛਲੇ ਚਾਰ ਸਾਲਾਂ ਦੇ ਤਜਰਬੇ ਨੇ ਕੀ ਦਿਖਾਇਆ ਹੈ ਕਿ ਉਹਦੀ ਭਾਰਤੀ ਮੂਲ ਦੀ ਹੋਣ ਕਰਕੇ ਭਾਰਤ ਨਾਲ ਕੋਈ ਰਿਆਇਤਦਿਲੀ ਵਾਲਾ ਵਤੀਰਾ ਅਮਰੀਕਾ ਨੇ ਦਿਖਾਇਆ ਹੋਵੇ। ਹੋਰ ਵੀ ਅਨੇਕਾਂ ਮੁਲਕਾਂ ਦੇ ਰਾਸ਼ਟਰਪਤੀ/ਵਜ਼ੀਰ/ਪ੍ਰਧਾਨ ਮੰਤਰੀ ਵੀ ਭਾਰਤੀ ਮੂਲ ਦੇ ਰਹੇ ਹਨ ਅਤੇ ਹਨ।

ਕੋਈ ਦੋ ਰਾਵਾਂ ਨਹੀਂ ਹਨ ਕਿ ਉਨ੍ਹਾਂ ਦੀ ਚਮੜੀ ਦਾ ਰੰਗ ਭਾਰਤੀ ਲੋਕਾਂ ਵਰਗਾ ਹੈ, ਉਹ ਭਾਰਤ 'ਚ ਜੰਮੇ-ਪਲੇ ਜ਼ਰੂਰ ਹੋ ਸਕਦੇ ਹਨ ਪਰ ਕਿ ਉਨ੍ਹਾਂ ਦੇ ਹਿੱਤ ਭਾਰਤ ਤੇ ਭਾਰਤੀ ਲੋਕਾਂ ਦੇ ਹਿੱਤਾਂ ਦੇ ਮੇਚ ਦੇ ਨਹੀਂ। ਉਨ੍ਹਾਂ ਦੇ ਫੈਸਲਿਆਂ 'ਤੇ ਨਿੱਜੀ ਦੌਲਤ ਨਾਲ ਆਮ ਲੋਕਾਂ ਦਾ ਢਿੱਡ ਨਹੀਂ ਪੂਰਨਾ ਅਤੇ ਨਾ ਹੀ ਕੋਈ ਤਰੱਕੀ ਉਨ੍ਹਾਂ ਨੇ ਲਿਆਉਣੀ ਹੈ। ਉਹ ਮਹਿਜ਼ ਆਪਣੇ ਆਕਾਵਾਂ ਦੇ ਇਸ਼ਾਰਿਆਂ 'ਤੇ ਨੱਚਣ ਵਾਲੇ ਆਰਥਿਕ ਪ੍ਰਬੰਧ ਦੇ ਹੱਥ-ਠੋਕੇ ਹਨ ਅਤੇ ਬਹੁਕੌਮੀ ਕਾਰਪੋਰੇਸ਼ਨਾਂ ਦੇ ਖ਼ਜ਼ਾਨਿਆਂ 'ਚ ਇਜ਼ਾਫਾ ਕਰਨ ਵਾਲੇ ਹਨ। ਲੋਕਾਂ ਦੇ ਦੁੱਖਾਂ-ਦਰਦਾਂ ਨੂੰ ਹੋਰ ਵਧਾਉਣ ਵਾਲੇ ਹਨ, ਭਾਰਤੀ ਲੋਕਾਂ ਦੇ ਡੈਟਾ ਬੇਸ ਨੂੰ ਇਕੱਤਰ ਕਰਕੇ ਅੱਗੇ ਵੇਚ ਕੇ ਦਮੜੀਆਂ ਵੱਟਣ ਵਾਲੇ ਹਨ। ਭਾਰਤ ਤੇ ਭਾਰਤ ਦੀ ਆਮ ਲੋਕਾਈ ਨਾਲ ਉਨ੍ਹਾਂ ਦਾ ਦੂਰ ਦਾ ਵਾਸਤਾ ਵੀ ਨਹੀਂ ਹੈ। ਆਮ ਭਾਰਤੀ ਨਾਲ ਉਨ੍ਹਾਂ ਦਾ ਰਿਸ਼ਤਾ ਇਹੋ ਜਿਹਾ ਹੈ। ਇਸ ਗੱਲ ਨੂੰ ਹਰ ਭਾਰਤੀ ਨੂੰ ਆਪਣੇ ਪੱਲੇ ਬੰਨ੍ਹ ਲੈਣੀ ਚਾਹੀਦੀ ਹੈ, ਸਮਝ ਲੈਣੀ ਚਾਹੀਦੀ ਹੈ।

ਸੰਪਰਕ: 94170-79720

# ਹਰੀ ਸਿੰਘ ਚਮਕ ਦਾ ਕਵਿ ਸੰਗ੍ਰਹਿ 'ਖ਼ਾਰੇ ਅਥਰੂ' ਸਮਾਜਿਕ ਸਰੋਕਾਰਾਂ ਦਾ ਪ੍ਰਤੀਕ

ਉਜਾਗਰ ਸਿੰਘ




ਹਰੀ ਸਿੰਘ ਚਮਕ ਸੰਵੇਦਨਸ਼ੀਲ ਸ਼ਾਇਰ ਹੈ। ਬਚਪਨ ਵਿੱਚ ਸਕੂਲ ਵਿੱਚ ਪੜ੍ਹਦਿਆਂ ਹੀ ਉਸਨੂੰ ਕਵਿਤਾਵਾਂ ਲਿਖਣ ਦੀ ਚੇਟਕ ਲੱਗ ਗਈ ਸੀ। ਮਹਿੰਦਰਾ ਕਾਲਜ ਵਿੱਚ ਪੜ੍ਹਦਿਆਂ ਉਹ ਕਹਾਣੀਆਂ ਲਿਖਣ ਲੱਗ ਗਿਆ ਅਤੇ ਕਾਲਜ ਦੀ ਸਾਹਿਤ ਸਭਾ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲੱਗ ਪਿਆ। ਉਸ ਤੋਂ ਬਾਅਦ ਤਾਂ ਚਲ ਸੋ ਚਲ ਸਾਹਿਤਕ ਮਸ ਹੋਰ ਪਰਪੱਕ ਹੁੰਦਾ ਰਿਹਾ। ਪਟਿਆਲਾ ਨੌਕਰੀ ਕਰਦਿਆਂ ਸਥਾਨਕ ਸਾਹਿਤ ਸਭਾਵਾਂ ਦੀਆਂ ਮੀਟਿੰਗਾਂ ਵਿੱਚ ਆਉਣ ਕਰਕੇ ਉਸਦਾ ਸਾਹਿਤਕਾਰਾਂ ਨਾਲ ਮੇਲਜੋਲ ਵੱਧ ਗਿਆ। ਇਸ ਦੇ ਸਿੱਟੇ ਵਜੋਂ ਸਾਹਿਤਕ ਪ੍ਰਵਿਰਤੀ ਪ੍ਰਫੁੱਲਤ ਹੋ ਗਈ। ਇਸ ਸਮੇਂ ਦੌਰਾਨ ਉਸਦੀਆਂ ਕਵਿਤਾਵਾਂ, ਕਹਾਣੀਆਂ ਅਤੇ ਲੇਖ ਅਖ਼ਬਾਰਾਂ ਅਤੇ ਮੈਗਜ਼ੀਨਾ ਵਿੱਚ ਪ੍ਰਕਾਸ਼ਤ ਹੁੰਦੇ ਰਹੇ। ਉਸਦੀ ਇਕ ਮਿੰਨੀ ਕਹਾਣੀਆਂ ਦੀ ਪੁਸਤਕ 'ਗਿਰਝਾਂ' 2023 ਵਿੱਚ ਪ੍ਰਕਾਸ਼ਤ ਹੋਈ ਸੀ। ਹਰੀ ਸਿੰਘ ਚਮਕ ਦੀਆਂ ਕਵਿਤਾਵਾਂ ਪੰਜ ਕਾਵਿ ਸੰਗ੍ਰਹਿਾਂ ਅਤੇ ਇੱਕ ਮਿੰਨੀ ਕਹਾਣੀਆਂ ਦੀ ਪੁਸਤਕ ਦਾ ਸ਼ਿੰਗਾਰ ਬਣ ਚੁੱਕੀਆਂ ਹਨ। 'ਖ਼ਾਰੇ ਹੰਝੂ' ਉਸਦਾ ਪਲੇਠਾ ਕਾਵਿ ਸੰਗ੍ਰਹਿ ਹੈ। ਇਸ ਕਾਵਿ ਸੰਗ੍ਰਹਿ ਵਿੱਚ ਉਸ ਦੀਆਂ 66 ਕਵਿਤਾਵਾਂ ਵੱਖਰੇ-ਵੱਖਰੇ ਰੰਗ ਬਖ਼ੇਰਦੀਆਂ ਹਨ। ਹਰੀ ਸਿੰਘ ਚਮਕ ਭਾਵਨਾਤਮਿਕ, ਯਥਾਰਥਵਾਦੀ, ਮਾਨਵਵਾਦੀ ਅਤੇ ਸਮਾਜਿਕ ਸਰੋਕਾਰਾਂ ਦਾ ਪ੍ਰਤੀਨਿਧ ਕਵੀ ਹੈ। ਸਮਾਜਿਕ ਤਾਣੇ-ਬਾਣੇ ਵਿੱਚ ਜੋ ਕੁਝ ਵੀ ਵਾਪਰ ਰਿਹਾ ਹੈ, ਉਸਦਾ ਪ੍ਰਭਾਵ ਹਰੀ ਸਿੰਘ ਚਮਕ ਦੀਆਂ ਕਵਿਤਾਵਾਂ ਵਿੱਚੋਂ ਵੇਖਣ ਨੂੰ ਮਿਲਦਾ ਹੈ। ਉਸਦੇ ਇੱਕ ਦਿਹਾਤੀ ਕਿਸਾਨੀ ਪਰਿਵਾਰ ਨਾਲ ਸੰਬੰਧਤ ਹੋਣ ਕਰਕੇ ਕਿਸਾਨੀ ਅਤੇ ਕਿਰਤੀਆਂ ਦੀਆਂ ਸਮੱਸਿਆਵਾਂ ਨੂੰ ਬੜਾ ਨੇੜਿਉਂ ਵੇਖਣ ਦਾ ਮੌਕਾ ਮਿਲਦਾ ਰਿਹਾ, ਜਿਸ ਕਰਕੇ ਉਹ ਉਨ੍ਹਾਂ ਦੀ ਜ਼ਿੰਦਗੀ ਦੀਆਂ ਉਲਝਣਾਂ ਦੀਆਂ ਪਰਤਾਂ ਨੂੰ ਆਪਣੀ ਕਵਿਤਾਵਾਂ ਦਾ ਵਿਸ਼ਾ ਬਣਾਉਂਦਾ ਹੈ। ਉਹ ਸਾਰੀ ਉਮਰ ਸਰਕਾਰੀ ਨੌਕਰੀ ਦੌਰਾਨ ਕਰਮਚਾਰੀਆਂ ਦੇ ਨੇਤਾ ਦੇ ਤੌਰ 'ਤੇ ਅਗਵਾਈ ਕਰਦਾ ਰਿਹਾ ਹੈ। ਇਸ ਕਰਕੇ ਉਸਨੂੰ ਦਫ਼ਤਰਾਂ ਦੀਆਂ ਕੁਰੀਤੀਆਂ ਦੀ ਵੀ ਪੂਰੀ ਜਾਣਕਾਰੀ ਹੈ। ਉਹ ਉਨ੍ਹਾਂ ਦੀਆਂ ਬਾਰੀਕੀਆਂ ਵਾਰੇ ਵੀ ਸੰਜੀਦਗੀ ਨਾਲ ਕਵਿਤਾਵਾਂ ਲਿਖਦਾ ਹੈ। ਨੌਕਰੀ ਦੌਰਾਨ ਕਰਮਚਾਰੀਆਂ ਦੀ ਸਮੱਸਿਆਵਾਂ ਦੇ ਹੱਲ ਲਈ ਉਸਦਾ ਵਾਹ ਸਿਆਸਤਦਾਨਾ ਨਾਲ ਵੀ ਪੈਂਦਾ ਰਿਹਾ ਹੈ। ਹਰੀ ਸਿੰਘ ਚਮਕ ਸਿਆਸਤਦਾਨਾ ਬਾਰੇ ਲਿਖਦਾ ਹੈ ਕਿ ਉਹ ਲੋਕਾਈ ਦੇ ਮਾਰਗ ਦਰਸ਼ਕ ਹੋਣੇ ਚਾਹੀਦੇ ਹਨ ਪ੍ਰੰਤੂ ਸਿਆਸਤਦਾਨ ਆਪਣੀ ਜ਼ਿੰਮੇਵਾਰੀ ਨਿਭਾਉਣ ਵਿੱਚ ਅਸਫਲ ਰਹੇ ਹਨ। ਉਹ ਤਾਂ ਕੁਰਾਹੇ ਪੈ ਗਏ ਹਨ, ਜਿਸ ਦਾ ਅਸਰ ਸਮੁੱਚੀ ਲੋਕਾਈ 'ਤੇ ਪੈ ਰਿਹਾ ਹੈ। ਭਰੂਣ ਹੱਤਿਆ, ਆਧੁਨਿਕ ਪੜ੍ਹੇ ਲਿਖੇ ਸਮਾਜ ਵਿੱਚ ਬਾਦਸਤੂਰ ਜ਼ਾਰੀ ਹੈ। ਨਸ਼ਿਆਂ ਦਾ ਪ੍ਰਕੋਪ ਵੀ ਘੱਟਣ ਦਾ ਨਾਮ ਨਹੀਂ ਲੈ ਰਿਹਾ। ਔਰਤਾਂ 'ਤੇ ਅਤਿਆਚਾਰ ਕੀਤੇ ਜਾਂਦੇ ਹਨ। ਦਿਨ ਦਿਹਾੜੇ ਔਰਤਾਂ ਅਗਵਾ ਕੀਤੀਆਂ ਜਾਂਦੀਆਂ ਹਨ। ਅਜੇ ਵੀ ਬਲਾਤਕਾਰ ਆਮ ਹੋ ਰਹੇ ਹਨ। ਦਾਜ ਦੇ ਲਾਲਚ ਲੜਕੀਆਂ ਨੂੰ ਸਾੜਿਆ ਜਾ ਰਿਹਾ ਹੈ। ਕੋਈ ਸੁਣਵਾਈ ਨਹੀਂ। ਤਕੜੇ ਦਾ ਸੱਤੀਂ ਵੀਹੀਂ ਸੌ ਹੁੰਦੈ। ਇਨ੍ਹਾਂ ਸਾਰੀਆਂ ਅਲਾਮਤਾਂ ਨੂੰ ਉਹ ਆਪਣੀ ਕਵਿਤਾਵਾਂ ਦਾ ਵਿਸ਼ਾ ਬਣਾਉਂਦਾ ਹੈ। ਸ਼ਾਇਰ ਔਰਤਾਂ ਨੂੰ ਪੜ੍ਹਾਈ ਦੇ ਗਹਿਣੇ ਨਾਲ ਜ਼ਿੰਦਗੀ ਜਿਓਣ ਲਈ ਕਹਿੰਦਾ ਹੈ, ਜਿਸ ਨਾਲ ਮਾਪਿਆਂ ਦਾ ਸਿਰ ਉਚਾ ਹੋ ਸਕੇ। ਪੈਸਾ ਪ੍ਰਧਾਨ ਹੈ ਪ੍ਰੰਤੂ ਇਕ-ਨਾ-ਇੱਕ ਦਿਨ ਪੈਸੇ ਵਾਲਿਆਂ ਨੂੰ ਭੁਗਤਣਾ ਪੈਣਾ ਹੈ। ਸਿਆਸਤਦਾਨ ਤੇ ਅਫ਼ਸਰਸ਼ਾਹੀ ਦੀ ਮਿਲੀ ਭੁਗਤ ਪਰਜਾ ਦਾ ਸਤਿਆਨਾਸ ਕਰ ਰਹੀ ਹੈ। ਇਸ ਕਰਕੇ ਪਰਜਾ ਦੇ ਦੁੱਖ ਦੂਰ ਹੋਣ ਦੀ ਥਾਂ ਵੱਧਦੇ ਜਾ ਰਹੇ ਹਨ। ਸਮੁੱਚੇ ਸਮਾਜ ਵਿੱਚ ਨਿਘਾਰ ਵੇਖਣ ਨੂੰ ਮਿਲ ਰਿਹਾ ਹੈ। ਭਰਿਸ਼ਟਾਚਾਰ ਦਾ ਬੋਲ-ਬਾਲਾ ਹੈ। ਲੋਕਾਂ ਨੂੰ ਇਨਸਾਫ਼ ਨਹੀਂ ਮਿਲ ਰਿਹਾ। ਇਨ੍ਹਾਂ ਸਾਰੇ ਵਿਸ਼ਿਆਂ ਨੂੰ ਉਹ ਆਪਣੀਆਂ ਕਵਿਤਾਵਾਂ ਵਿੱਚ ਲਿਆ ਕੇ ਲੋਕਾਂ ਦੀ ਕਚਹਿਰੀ ਵਿੱਚ ਰੱਖ ਰਿਹਾ ਹੈ। ਸ਼ਾਇਰ ਦੇ ਅਤਿ ਸੰਜੀਦਾ ਹੋਣ ਦਾ ਉਸਦੀ ਪਹਿਲੀ ਕਵਿਤਾ ਤੋਂ ਹੀ ਲੱਗਦਾ ਹੈ, ਜਿਸ ਵਿੱਚ ਉਹ ਪ੍ਰਮਾਤਮਾ ਅੱਗੇ ਅਰਜ਼ੋਈ ਕਰਦਾ ਹੋਇਆ ਲਿਖਦਾ ਹੈ ਕਿ ਉਸਨੂੰ ਇਤਨੀ ਤਾਕਤ ਦੇਹ ਕਿ ਉਹ ਲੋਕਾਈ ਦੇ ਦਰਦ ਤੇ ਹੱਕ ਸੱਚ ਤੇ ਖੜ੍ਹਨ, ਕਿਰਤੀਆਂ ਦੀ ਕਦਰ ਕਰਨ ਨੂੰ ਬਿਨਾ ਡਰ ਅਤੇ ਭੈ ਤੋਂ ਆਪਣੀਆਂ ਕਵਿਤਾਵਾਂ ਦਾ ਵਿਸ਼ਾ ਬਣਾਉਂਦਾ ਰਹੇ। ਉਸ ਦੀਆਂ ਕਵਿਤਾਵਾਂ ਬਾਲ ਮਜ਼ਦੂਰੀ, ਬੇਇਨਸਾਫ਼ੀ, ਭਰੂਣ ਹੱਤਿਆ, ਅਨੈਤਿਕਤਾ, ਲੋਭ ਲਾਲਚ ਅਤੇ ਧੋਖੇ ਫ਼ਰੇਬਾਂ ਦੇ ਵਿਰੁੱਧ ਆਵਾਜ਼ ਬੁਲੰਦ ਕਰਦੀਆਂ ਹਨ। ਉਸਨੂੰ ਇਸ ਗੱਲ ਦਾ ਵੀ ਦੁੱਖ ਹੈ ਕਿ ਜਿਸਦਾ ਭਲਾ ਕਰਦੇ ਹਾਂ, ਉਹੀ ਨੁਕਸਾਨ ਕਰਨ ਵਿੱਚ ਮੋਹਰੀ ਦੀ ਭੂਮਿਕਾ ਨਿਭਾਉਂਦਾ ਹੈ। ਜ਼ਮਾਨਾ ਇਤਨਾ ਖ਼ੁਦਗਰਜ਼ ਤੇ ਮਾੜਾ ਹੋ ਗਿਆ ਹੈ, ਕਿਸੇ ਤੇ ਵਿਸ਼ਵਾਸ਼ ਕਰਨਾ ਹੀ ਔਖਾ ਹੋ ਗਿਆ ਹੈ। ਵੋਟਾਂ ਮੌਕੇ ਸਿਆਤਦਾਨ ਵੋਟਰਾਂ ਨੂੰ ਰੱਬ ਦਾ ਰੂਪ ਕਹਿੰਦੇ ਹਨ, ਪ੍ਰੰਤੂ ਬਾਅਦ ਵਿੱਚ ਰੰਗ ਬਦਲ ਜਾਂਦੇ ਹਨ। ਪ੍ਰਸ਼ਾਸ਼ਨ ਵਿੱਚੋਂ ਪਾਰਦਰਸ਼ਤਾ ਖ਼ਤਮ ਹੋ ਗਈ ਹੈ। ਗ਼ਰੀਬਾਂ ਦਾ ਖ਼ੂਨ ਚੂਸਕੇ ਮਹਿਲ ਮਾੜੀਆਂ ਉਸਾਰੀਆਂ ਜਾਂਦੀਆਂ ਹਨ। ਲੋਕ ਹਿੱਤਾਂ ਨੂੰ ਅਣਡਿਠ ਕੀਤਾ ਜਾਂਦਾ ਹੈ। ਪਰਜਾ ਧਰਨੇ ਅੰਦੋਲਨ ਕਰਕੇ ਥੱਕ ਜਾਂਦੀਆਂ ਹਨ। ਬਜ਼ੁਰਗਾਂ ਨੂੰ ਅਣਗੌਲਿਆ ਜਾਂਦਾ ਹੈ। ਮਾਵਾਂ ਦੀ ਮਮਤਾ ਦਾ ਮੁੱਲ ਨਹੀਂ ਮੋੜਿਆ ਜਾ ਰਿਹਾ। ਕੁਰਬਾਨੀ ਕਰਨ ਵਾਲੇ ਸ਼ਹੀਦਾਂ ਨੂੰ ਸਲਾਮੀਆਂ ਦੇਣਾ ਕੋਈ ਅਹਿਸਾਨ ਨਹੀਂ ਹੁੰਦਾ। ਅੰਦਰਲੇ ਰਾਵਣ ਨੂੰ ਮਾਰਨਾ ਪੈਣਾ ਹੈ। ਭਰਾ-ਭਰਾ ਦਾ ਲਾਲਚ ਕਰਕੇ ਦੁਸ਼ਮਣ ਬਣਿਆਂ ਫਿਰਦੈ। ਧਾਰਮਿਕ ਸਥਾਨਾ ਦੀ ਆੜ ਵਿੱਚ ਗ਼ਲਤ ਕੰਮ ਹੋ ਰਹੇ ਹਨ। ਲੋਕ ਮਖੌਟੇ ਪਾਈ ਫਿਰਦੇ ਹਨ। ਮਨੀਪੁਰ ਵਿਚਲੀਆਂ ਘਟਨਾਵਾਂ ਵੀ ਕਵੀ ਦੇ ਮਨ ਨੂੰ ਠੇਸ ਪਹੁੰਚਾਉਂਦੀਆਂ ਹਨ।

ਹਰੀ ਸਿੰਘ ਚਮਕ ਨੇ ਸਮਾਜਿਕ ਸਰੋਕਾਰਾਂ ਵਾਲੀਆਂ ਕਵਿਤਾਵਾਂ ਵਿੱਚ 12 ਕਵਿਤਾਵਾਂ ਸਿੱਖ ਧਰਮ ਨਾਲ ਸੰਬੰਧਤ ਵੀ ਹਨ, ਜਿਨ੍ਹਾਂ ਤੋਂ ਪਤਾ ਲੱਗਦਾ ਹੈ ਕਿ ਉਹ ਪ੍ਰਮਾਤਮਾ ਦੀ ਰਜਾ ਵਿੱਚ ਰਹਿਣ ਵਾਲਾ ਸ਼ਾਇਰ ਹੈ। ਉਨ੍ਹਾਂ ਕਵਿਤਾਵਾਂ ਵਿੱਚ ਉਹ ਸਰਕਾਰਾਂ ਦੀਆਂ ਗ਼ਲਤੀਆਂ ਬਾਰੇ ਜਾਣਕਾਰੀ ਦਿੰਦਾ ਹੋਇਆ ਵਿਅੰਗ ਦੇ ਤੀਰ ਵੀ ਮਾਰਦਾ ਹੈ। ਕਿਸਾਨੀ ਅੰਦੋਲਨ ਨਾਲ ਸੰਬੰਧਤ ਇਸ ਕਾਵਿ ਸੰਗ੍ਰਹਿ ਵਿੱਚ 11 ਕਵਿਤਾਵਾਂ ਹਨ, ਜਿਹੜੀਆਂ ਪੰਜਾਬ ਅਤੇ ਕੇਂਦਰ ਸਰਕਾਰ ਦੀਆਂ ਅਣਗਹਿਲੀਆਂ ਬਾਰੇ ਕਟਾਕਸ਼ ਕਰਦੀਆਂ ਹਨ। ਕਿਸਾਨਾਂ ਨੂੰ ਮਿਲਾਵਟ ਵਾਲੀਆਂ ਖਾਦਾਂ ਅਤੇ ਕੀਟਨਾਸ਼ਕ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਸਰਕਾਰਾਂ ਇਸ ਪਾਸੇ ਅਵੇਸਲੀਆਂ ਹਨ। ਕਿਸਾਨਾ ਨੂੰ ਕਰਜ਼ੇ ਹੇਠ ਦੱਬਣ ਕਰਕੇ ਖੁਦਕਸ਼ੀਆਂ ਕਰਨੀਆਂ ਪੈਂਦੀਆਂ ਹਨ। ਕੋਈ ਵੀ ਸਰਕਾਰ ਕਿਸਾਨਾ ਦੀ ਬਾਂਹ ਨਹੀਂ ਫੜ੍ਹਦੀ। ਕੇਂਦਰ ਸਰਕਾਰ ਦੀ ਬੇਰੁੱਖੀ ਕਿਸਾਨਾਂ ਨੂੰ ਕਰਜ਼ੇ ਦੇ ਖੂਹ ਵਿੱਚ ਸੁੱਟ ਰਹੀ ਹੈ। 'ਮੌਕਾ ਤੂੰ ਸੰਭਾਲ ਜੱਟਾ. . . ' ਵਿੱਚ ਕਿਸਾਨੀ ਅੰਦੋਲਨ ਸਮੇਂ ਕਿਸਾਨਾਂ ਨੂੰ ਸਰਕਾਰੀ ਜ਼ਬਰ ਦਾ ਮੁਕਾਬਲਾ ਕਰਨ ਦੀ ਪ੍ਰੇਰਨਾ ਦਿੰਦਾ ਹੋਇਆ ਕਿਸਾਨਾ ਦੀ ਜਦੋਜਹਿਦ ਦੀਆਂ ਗੱਲਾਂ ਵੀ ਕਰਦਾ ਹੈ ਕਿ ਕਿਵੇਂ ਉਹ ਮਿਹਨਤ ਕਰਕੇ ਫ਼ਸਲ ਪਾਲਦੇ ਹਨ, ਪ੍ਰੰਤੂ ਉਨ੍ਹਾਂ ਵਾਜਬ ਮੁਲ ਵੀ ਨਹੀਂ ਮਿਲਦਾ। ਇਸਦੇ ਨਾਲ ਕਾਵਿ ਸੰਗ੍ਰਹਿ ਦੇ ਨਾਮ ਵਾਲੀ ਕਵਿਤਾ ਵਿੱਚ ਕਿਸਾਨ ਅੰਦੋਲਨ ਸਾਜ਼ਸ਼ ਤਹਿਤ ਲੀਹੋਂ ਲਾਹੁਣ ਮੌਕੇ ਸਰਕਾਰ ਦੀ ਬਦਨੀਤੀ ਅਤੇ ਕਿਸਾਨ ਆਗੂ ਰਾਕੇਸ਼ ਟਿਕੈਤ ਦਾ ਭਾਵਪੂਰਤ ਭਾਵਕਤਾ ਦੇ ਵਿੱਚ ਵਹਿਣ ਸਮੇਂ ਡਿਗੇ ਹੰਝੂਆਂ ਨੂੰ ਖ਼ਾਰੇ ਹੰਝੂਆਂ ਦਾ ਨਾਮ ਦਿੱਤਾ ਗਿਆ ਹੈ, ਜਿਸਨੇ ਕਿਸਾਨ ਅੰਦੋਲਨ ਵਿੱਚ ਦੁਬਾਰਾ ਰੂਹ ਫੂਕ ਦਿੱਤੀ ਸੀ। ਸਾਉਣ ਦੇ ਮਹੀਨੇ ਜਿਥੇ ਹਰਿਆਵਲ ਹੁੰਦੀ ਹੈ, ਉਥੇ ਹੀ ਹੜ੍ਹ ਕਿਸਾਨੀ ਨੂੰ ਬਰਬਾਦ ਕਰ ਦਿੰਦੇ ਹਨ। ਕਰੋਨਾ ਕਾਲ ਦੇ ਮਾੜੇ ਪ੍ਰਭਾਵਾਂ ਅਤੇ ਅਮੀਰ ਲੋਕਾਂ ਵੱਲੋਂ ਗ਼ਰੀਬਾਂ ਦੀ ਲੁੱਟ ਤੇ ਕਿੰਤੂ ਪ੍ਰੰਤੂ ਕੀਤਾ ਹੈ। ਆਟਾ ਦਾਲ ਵਰਗੀਆਂ ਮੁਫ਼ਤਖ਼ੋਰੀ ਦੀਆਂ ਸਕੀਮਾ ਲੋਕਾਂ ਨੂੰ ਮੰਗਤੇ ਬਣਾ ਰਹੀਆਂ ਹਨ। ਆਜ਼ਾਦੀ ਅਤੇ ਦੇਸ਼ ਭਗਤੀ ਨਾਲ ਸੰਬੰਧਤ 8 ਕਵਿਤਾਵਾਂ ਹਨ। ਆਜ਼ਾਦੀ ਦੇ ਲਾਭ ਵੀ ਗਿਣੇ ਚੁਣੇ ਲੋਕਾਂ ਨੂੰ ਹੀ ਮਿਲੇ ਹਨ। ਗ਼ਰੀਬੀ ਤੇ ਬੇਰੋਜ਼ਗਾਰੀ ਬਰਕਰਾਰ ਹੈ। ਜਿਹੜੇ ਸਪਨੇ ਆਜ਼ਾਦੀ ਲਈ ਭਗਤ ਸਿੰਘ ਨੇ ਲਏ ਸੀ, ਉਹ ਸਾਕਾਰ ਨਹੀਂ ਹੋਏ। ਇੱਕ-ਨਾ-ਇੱਕ ਦਿਨ ਲੋਕ ਬਗ਼ਾਬਤ ਕਰਨਗੇ, ਫਿਰ ਅਸਲ ਆਜ਼ਾਦੀ ਆਵੇਗੀ। ਅਮੀਰਾਂ ਦਾ ਹੰਕਾਰ ਗ਼ਰੀਬ ਤੋੜਨਗੇ।

ਦੋਹਰੇ ਕਿਰਦਾਰ ਦੇ ਲੋਕ ਸਭ ਤੋਂ ਖ਼ਤਰਨਾਕ ਹੁੰਦੇ ਹਨ। ਦੇਸ਼ ਦੀ ਵੰਡ ਸਮੇਂ ਅੰਮ੍ਰਿਤਾ ਪ੍ਰੀਤਮ ਨੇ ਲੜਕੀਆਂ ਨਾਲ ਹੋ ਰਹੇ ਅਤਿਆਚਾਰਾਂ ਬਾਰੇ ਤਾਂ ਕਵਿਤਾ ਲਿਖ ਦਿੱਤੀ ਪ੍ਰੰਤੂ 1984 ਵਿੱਚ ਸਿੱਖਾਂ ਦੇ ਕਤਲੇਆਮ ਅਤੇ ਔਰਤਾਂ ਨਾਲ ਦੁਰਾਚਾਰ ਬਾਰੇ ਅੰਮ੍ਰਿਤਾ ਪ੍ਰੀਤਮ ਨੇ ਇੱਕ ਸ਼ਬਦ ਨਹੀਂ ਲਿਖਿਆ, ਹਰੀ ਸਿੰਘ ਚਮਕ ਨੇ ਇਸ ਗੱਲ ਦਾ ਦੁੱਖ ਪ੍ਰਗਟ ਕੀਤਾ ਹੈ। 'ਮਈ ਦਿਹਾੜ...' ...' ਸਿਰਲੇਖ ਕਵਿਤਾ ਵਿੱਚ ਲਿਖਿਆ ਹੈ ਕਿ ਕਿਰਤੀਆਂ ਨੂੰ ਉਨ੍ਹਾਂ ਦਾ ਵਾਜਬ ਮਿਹਨਤਾਨਾਂ ਨਹੀਂ ਮਿਲ ਰਿਹਾ ਪ੍ਰੰਤੂ ਜਦੋਂ ਉਹ ਆਪਣੇ ਹੱਕਾਂ ਲਈ ਅੰਦੋਲਨ ਕਰਦੇ ਹਨ ਤਾਂ ਸਰਕਾਰਾਂ ਦਬਾ ਦਿੰਦੀਆਂ ਹਨ। ਧੀਆਂ ਬਾਰੇ ਲਿਖਿਦਿਆਂ ਦੱਸਿਆ ਹੈ ਕਿ ਅੱਜ ਕਲ੍ਹ ਧੀਆਂ ਹਰ ਖੇਤਰ ਜਿਵੇਂ ਪੜ੍ਹਾਈ, ਪੁਲਿਸ, ਸਿਵਲ, ਮਿਲਟਰੀ, ਪੁਲਾੜ ਵਿੱਚ ਮੋਹਰੀ ਦੀ ਭੂਮਿਕਾ ਨਿਭਾ ਰਹੀਆਂ ਹਨ। ਗਿਆਨ ਦੇ ਦੀਵੇ ਹੀ ਜ਼ਿੰਦਗੀ ਵਿੱਚ ਕੰਮ ਆਉਂਦੇ ਹਨ। ਸਾਧਾਂ ਅਤੇ ਉਨ੍ਹਾਂ ਦੇ ਡੇਰਿਆਂ 'ਤੇ ਚਿੰਤਾ ਪ੍ਰਗਟ ਕੀਤੀ ਗਈ ਹੈ। ਭਵਿਖ ਵਿੱਚ ਹਰੀ ਸਿੰਘ ਚਮਕ ਤੋਂ ਹੋਰ ਵਧੀਆ ਕਵਿਤਾਵਾਂ ਲਿਖਣ ਦੀ ਉਮੀਦ ਕੀਤੀ ਜਾ ਸਕਦੀ ਹੈ।

128 ਪੰਨਿਆਂ, 250 ਰੁਪਏ ਕੀਮਤ ਵਾਲਾ ਕਾਵਿ ਸੰਗ੍ਰਹਿ ਸ਼ਬਦਾਂਜਲੀ ਪਬਲੀਕੇਸ਼ਨਜ਼ ਪਟਿਆਲਾ ਨੇ ਪ੍ਰਕਾਸ਼ਤ ਕੀਤਾ ਹੈ।

# ਉਦਰੇਵੇਂ ਭਰਿਆ ਖ਼ਤ

ਹਰੇਕ ਸਾਲ ਲੋਕ ਮਾਂ ਦਿਵਸ ਮਨਾਉਂਦੇ ਹਨ, ਪਰ ਮੈਂ ਉਹ ਬਦਨਸੀਬ ਤੇ ਮਨਹੂਸ ਤੇਰਾ ਪੁੱਤਰ ਜਿਸ ਨੇ ਤੇਰੀ ਕੁੱਖ 'ਚ ਹੀ ਤੈਨੂੰ ਦੁੱਖਾਂ ਅਤੇ ਗ਼ਮਾਂ ਦੇ ਹਨੇਰੇ ਵਿੱਚ ਡੁੱਬੀ ਦੇਖਿਆ। ਤੇਰੇ ਲਈ ਉਹ ਦਿਨ ਕਿਆਮਤ ਤੋਂ ਘੱਟ ਨਹੀਂ ਹੋਵੇਗਾ, ਜਦੋਂ ਮੇਰੇ ਜਨਮ ਤੋਂ ਪਹਿਲਾਂ ਹੀ ਮੇਰੇ ਪਿਤਾ ਦੀ ਲਾਸ਼ ਤਿਰੰਗੇ ਵਿੱਚ ਲਿਪਟੀ ਤੇਰੇ ਕੋਲ ਪਹੁੰਚੀ ਹੋਵੇਗੀ। ਇੱਕ ਪਾਸੇ ਪਤੀ ਦਾ ਬੇਜਾਨ ਸਰੀਰ ਅਤੇ ਦੂਜੇ ਪਾਸੇ ਪੇਟ 'ਚ ਪਲ ਰਹੇ ਉਸ ਦੇ ਬੱਚੇ ਦਾ ਫ਼ਿਕਰ, ਇਹੋ ਜਿਹੇ ਸਮੇਂ ਦੁੱਖਾਂ ਦੇ ਪਹਾੜ ਨੂੰ ਬਹਾਦਰ ਫ਼ੌਜੀ ਦੀ ਪਤਨੀ ਹੀ ਬਰਦਾਸ਼ਤ ਕਰ ਸਕਦੀ ਹੋਵੇਗੀ। ਜ਼ਿੰਦਗੀ ਦੇ ਤੀਹ ਵਰ੍ਹੇ ਮਹਿਜ਼ ਭਰ ਜਵਾਨੀ ਦੇ ਹੁੰਦੇ ਹਨ। ਤੂੰ ਇਹ ਜਵਾਨੀ ਬੱਚਿਆਂ ਲਈ ਕੁਰਬਾਨ ਕਰ ਦਿੱਤੀ। ਪਿਤਾ ਜੀ ਦੀ ਫੋਟੋ ਸਾਹਮਣੇ ਖਲੋ ਕੇ ਆਖਦੀ ਹੋਵੇਂਗੀ ਕਿ ਦੇਖ ਤੇਰੇ ਬੱਚਿਆਂ ਨੂੰ ਤੇਰੀ ਯਾਦ ਨਹੀਂ ਆਉਣ ਦਿੰਦੀ। ਸੂਬੇਦਾਰਨੀ ਅਖਵਾਉਣ ਵਾਲੀ ਮੇਰੀ ਮਾਂ ਜਦੋਂ ਮਜ਼ਦੂਰੀ ਕਰਕੇ ਸਾਨੂੰ ਪਾਲਦੀ ਹੋਵੇਗੀ, ਪਤੀ ਦੇ ਸਾਏ ਤੋਂ ਬਿਨਾਂ ਇਹ ਦਰਦ ਕਿੰਨਾ ਭਿਆਨਕ ਤੇ ਡਰਾਉਣਾ ਹੋਵੇਗਾ। ਜਦੋਂ ਮੈਂ ਪਿੱਛੇ ਝਾਤ ਮਾਰਦਾ ਹਾਂ ਤਾਂ ਮਾਂ, ਸੱਚਮੁੱਚ ਤੂੰ ਦੇਵੀ ਦਾ ਰੂਪ ਲਗਦੀ ਏਂ ਅਤੇ ਤੇਰੇ ਪੈਰਾਂ ਦੀ ਧੂੜ ਮੱਥੇ ਲਾਉਣ ਨੂੰ ਦਿਲ ਕਰਦਾ ਹੈ। ਮੈਨੂੰ ਯਾਦ ਹੈ, ਤੂੰ ਜਦੋਂ ਰਾੜ੍ਹ ਵਾਲੇ ਛੋਲੇ ਬਣਾਉਂਦੀ ਸੀ, ਬਹੁਤ ਸੁਵਾਦ ਲਗਦੇ ਸੀ। ਮੇਰੇ ਬੱਚੇ ਬੇਸ਼ੱਕ ਮੈਨੂੰ ਬਜ਼ੁਰਗ ਸਮਝਦੇ ਹਨ ਪਰ ਮੈਂ ਤੇਰੇ ਲਈ ਬੱਚਾ ਹੀ ਹਾਂ। ਮੈਨੂੰ ਯਾਦ ਹੈ ਜਦੋਂ ਤੂੰ ਸਖ਼ਤ ਬਿਮਾਰ ਸੀ, ਹਸਪਤਾਲ ਜਾਂਦਿਆਂ ਕਿਹਾ ਸੀ ਕਿ 'ਐਵੇਂ ਮਿੱਟੀ ਚੁੱਕੀ ਫਿਰਦਾ ਏਂ' ਪਰ ਮੈਂ ਤੈਨੂੰ ਕਿਸੇ ਵੀ ਕੀਮਤ 'ਤੇ ਗੁਆਉਣਾ ਨਹੀਂ ਚਾਹੁੰਦਾ ਸੀ। ਹੋਣੀ ਨੂੰ ਕੋਈ ਟਾਲ ਨਹੀਂ ਸਕਦਾ। ਸਿਦਕ ਅਤੇ ਦ੍ਰਿੜ੍ਹਤਾ ਨਾਲ ਤੂੰ ਹਮੇਸ਼ਾ ਮਾਂ ਅਤੇ ਪਿਤਾ ਦਾ ਰੋਲ ਅਦਾ ਕਰਕੇ ਸਾਨੂੰ ਪਿਤਾ ਦੀ ਯਾਦ ਨਾ ਆਉਣ ਦਿੱਤੀ। ਅੱਜ ਜੇ ਤੂੰ ਮੇਰੇ ਕੋਲ ਹੋਵੇਂ ਤਾਂ ਤੈਨੂੰ ਮਿਲੇ ਇੱਕ-ਇੱਕ ਦੁੱਖ ਦਾ ਹਿਸਾਬ ਤੈਨੂੰ ਉਸ ਤੋਂ ਵੀ ਵੱਧ ਸੁਖ ਦੇ ਕੇ ਪੂਰਾ ਕਰਦਾ। ਤੇਰੇ ਜਾਣ ਪਿੱਛੋਂ ਮੈਂ ਹੋਰ ਵੀ ਸ਼ਿੱਦਤ ਨਾਲ ਜਾਣਿਆ ਹੈ ਕਿ ਮਾਂ ਵਰਗੀ ਠੰਢੀ ਛਾਂ ਕਦੇ ਹੋਰ ਨਹੀਂ ਮਿਲਦੀ।

ਹਰਮੇਲ ਸਿੰਘ ਭਾਗੋਵਾਲੀਆ
ਸੰਪਰਕ: 98152-31028



# ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ 212 ਸਰਕਾਰੀ ਸਕੂਲਾਂ ਦੀ ਲਗਭਗ 100 ਕਰੋੜ ਨਾਲ ਬਦਲ ਰਹੀ ਹੈ ਨੁਹਾਰ : ਬੈਂਸ

ਸ੍ਰੀ ਅਨੰਦਪੁਰ ਸਾਹਿਬ 24 ਮਈ (ਤਰਲੋਚਨ ਸਿੰਘ) ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਲਈ 18 ਹਜ਼ਾਰ ਕਰੋੜ ਰੁਪਏ ਦਾ ਬਜਟ ਰੱਖਿਆ ਹੈ, ਜਿਸ ਤੋਂ ਪਤਾ ਲੱਗਦਾ ਹੈ ਕਿ ਸਰਕਾਰ ਸਿੱਖਿਆ ਖੇਤਰ ਨੂੰ ਤਰਜੀਹ ਦੇਣ ਲਈ ਬਹੁਤ ਗੰਭੀਰ ਹੈ। ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ 212 ਸਰਕਾਰੀ ਸਕੂਲਾਂ ਦੀ ਲਗਭਗ 100 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਨਾਲ ਨੁਹਾਰ ਬਦਲ ਰਹੀ ਹੈ। ਸਾਡੇ ਸਰਕਾਰੀ ਸਕੂਲ ਮਾਡਲ ਤੇ ਕਾਨਵੈਂਟ ਸਕੂਲਾਂ ਦਾ ਮੁਕਾਬਲਾ ਕਰਨ ਦੇ ਯੋਗ ਹੋ ਰਹੇ ਹਨ। ÷ਪੰਜਾਬ ਸਿੱਖਿਆ ਕ੍ਰਾਂਤੀ÷ ਤਹਿਤ ਕਰਵਾਏ ਜਾ ਰਹੇ ਵਿਕਾਸ ਕਾਰਜ ਨਾ ਸਿਰਫ਼ ਵਿਦਿਆਰਥੀਆਂ ਨੂੰ ਬਿਹਤਰ ਵਿਦਿਅਕ ਮਾਹੌਲ ਪ੍ਰਦਾਨ ਕਰਨਗੇ ਬਲਕਿ ਅਧਿਆਪਕਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਵਿੱਚ ਵੀ ਮੱਦਦ ਕਰਨਗੇ। ਸਿੱਖਿਆ ਖੇਤਰ ਵਿੱਚ ਸੁਧਾਰ ਸਮਾਜ ਦੇ ਹਰ ਵਰਗ ਨੂੰ ਲਾਭ ਪਹੁੰਚਾਏਗਾ ਅਤੇ ਇਹ ਸੂਬੇ ਦੇ ਸਮੁੱਚੇ ਵਿਕਾਸ ਵਿੱਚ ਯੋਗਦਾਨ ਪਾਵੇਗਾ। ਉਨ੍ਹਾਂ ਨੇ ਸਰਕਾਰੀ ਸਕੂਲ ਝਿੰਜੜੀ ਵਿੱਚ ਨਵੀਨੀਕਰਨ 10.57 ਲੱਖ ਰੁਪਏ, ਸਰਕਾਰੀ ਪ੍ਰਾਇਮਰੀ ਸਕੂਲ ਬੱਢਲ ਲੋਅਰ ਵਿੱਚ ਰਿਪੇਅਰ 4.55 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਨਿੱਕੂਵਾਲ ਵਿੱਚ ਕਲਾਸਰੂਮ ਤੇ ਰਿਪੇਅਰ 12.62 ਲੱਖ



ਰੁਪਏ, ਸਰਕਾਰੀ ਮਿਡਲ ਸਕੂਲ ਨਿੱਕੂਵਾਲ ਵਿੱਚ ਚਾਰਦੀਵਾਰੀ ਤੇ 1.75 ਲੱਖ , ਸਰਕਾਰੀ ਪ੍ਰਾਇਮਰੀ ਸਕੂਲ ਬੁਰਜ ਵਿੱਚ ਰਿਪੇਅਰ ਤੇ ਚਾਰਦੀਵਾਰੀ 31.06 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਲੋਦੀਪੁਰ ਵਿੱਚ ਹੋਲੀਸਟਿਕ ਪਲਾਨ ਤੇ ਰਿਪੇਅਰ ਲਈ 26.58 ਲੱਖ ਰੁਪਏ, ਸਰਕਾਰੀ ਮਿਡਲ ਸਕੂਲ ਲੋਦੀਪੁਰ ਵਿੱਚ ਚਾਰਦੀਵਾਰੀ 7 ਲੱਖ ਰੁਪਏ ਤੇ ਸਰਕਾਰੀ ਪ੍ਰਾਇਮਰੀ ਸਕੂਲ ਮਟੌਰ ਨਵੇ ਕਲਾਸ ਰੂਮ ਤੇ ਰਿਪੇਅਰ 12.28 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਅਤੇ ਉਨ੍ਹਾਂ ਨੇ ਵਿਦਿਆਰਥੀਆਂ, ਮਾਪਿਆ ਤੇ ਅਧਿਆਪਕਾਂ ਨਾਲ ਗੱਲਬਾਤ ਕੀਤੀ। ਸਰਕਾਰੀ ਸਕੂਲਾਂ ਵਿਚ ਕਰਵਾਈਆਂ ਸੱਭਿਆਚਾਰਕ ਪੇਸ਼ਕਾਰੀਆਂ ਦੀ ਸ਼ਲਾਘਾ ਕਰਦੇ ਹੋਏ ਸਿੱਖਿਆ ਮੰਤਰੀ ਨੇ ਕਿਹਾ ਕਿ ਸਾਡੇ ਵਿਦਿਆਰਥੀ ਹਰ ਖੇਤਰ ਵਿੱਚ ਮੱਲਾ ਮਾਰ ਰਹੇ ਹਨ, ਖੇਡਾਂ ਦੇ ਖੇਤਰ ਵਿਚ ਵੀ ਜਿਕਰਯੋਗ ਪ੍ਰਾਪਤੀਆਂ ਹੋਈਆਂ ਹਨ। ਇਸ ਮੌਕੇ ਸੰਬੋਧਨ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਵੱਲ ਇਤਿਹਾਸਕ ਕਦਮ ਚੁੱਕੇ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਹਰ ਬੱਚੇ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਸੁਧਾਰ ਲਿਆਉਣ ਲਈ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਹਰ ਸੰਭਵ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿੱਖਿਆ ਪ੍ਰਣਾਲੀ ਦੀ ਮਜ਼ਬੂਤੀ ਵੱਲ ਧਿਆਨ ਨਾ ਦੇਣ ਕਾਰਨ ਸੂਬੇ ਵਿੱਚ ਵੱਡੀ ਪੱਧਰ 'ਤੇ ਪ੍ਰਾਈਵੇਟ ਸਕੂਲ ਖੁੱਲ੍ਹੇ ਅਤੇ ਸਿੱਖਿਆ ਨੂੰ ਮਹਿੰਗਾ ਕਰ ਕੇ ਆਮ ਲੋਕਾਂ ਦੇ ਬੱਚਿਆਂ ਦੀ ਪਹੁੰਚ ਤੋਂ ਦੂਰ ਕਰ ਦਿੱਤਾ ਪਰ ਇਸ ਸਰਕਾਰ ਵੱਲੋਂ ਤਿੰਨ ਸਾਲਾਂ ਵਿੱਚ ਸਿੱਖਿਆ ਦੇ ਖੇਤਰ ਵਿੱਚ ਲਾ ਮਿਸਾਲ ਤਬਦੀਲੀਆਂ ਸਦਕਾ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਮਜ਼ਬੂਤ ਹੋਇਆ ਹੈ। ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੇ ਸੂਬਾ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਅਤਿ ਆਧੁਨਿਕ ਬੁਨਿਆਦੀ ਢਾਂਚਾ ਅਤੇ ਪੜ੍ਹਾਈ ਲਈ ਢੁੱਕਵਾਂ ਮਾਹੌਲ ਵਿਦਿਆਰਥੀਆਂ ਲਈ ਬਹੁਤ ਹੀ ਮਦਦਗਾਰ ਸਾਬਿਤ ਹੋਵੇਗਾ ।ਇਸ ਪ੍ਰੇਮ ਕੁਮਾਰ ਮਿੱਤਲ ਜਿਲ੍ਹਾ ਸਿੱਖਿਆ ਅਫਸਰ (ਸ), ਸੁਰਿੰਦਰ ਪਾਲ ਸਿੰਘ ਉਪ ਜਿਲ੍ਹਾ ਸਿੱਖਿਆ ਅਫਸਰ, ਸ਼ਮਸ਼ੇਰ ਸਿੰਘ ਡੀ.ਈ.ਓ ਪ੍ਰਾਇਮਰੀ, ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਨੀਰਜ ਵਰਮਾ ਪ੍ਰਿੰਸੀਪਲ, ਪਵਨ ਖੁਰਾਨਾ ਪ੍ਰਿੰਸੀਪਲ, ਸੰਜੀਵ ਪਠਾਣੀਆ ਤਹਿਸੀਲਦਾਰ, ਦਇਆ ਸਿੰਘ ਹਲਕਾ ਕੁਆਰਡੀਨੇਟਰ ਸਿਖਿਆ , ਜਸਵਿੰਦਰ ਕੌਰ ਮੁੱਖ ਅਧਿਆਪਕਾ , ਸੁਨੀਲ ਅਡਵਾਲ, ਅਭੀਜੀਤ ਸਿੰਘ ਅਲੈਕਸ, ਦਵਿੰਦਰ ਸਿੰਘ ਸ਼ੰਮੀ ਬਰਾਰੀ (ਦੋਵੇਂ ਏਰੀਆ ਕੁਆਰਡੀਨੇਟਰ) ਚਰਨਜੀਤ ਸਿੰਘ , ਗੁਰਪ੍ਰੀਤ ਕੌਰ, ਜਸਵੀਰ ਸਿੰਘ ਬੀ.ਪੀ.ਈ.ਓ, ਮਨਜੀਤ ਸਿੰਘ ਮਾਵੀ, ਗੁਰਜਿਤਿੰਦਰ ਸਿੰਘ , ਹਰਵਿੰਦਰ ਸਿੰਘ ਜਗਜੀਤ ਸਿੰਘ ਜੱਗੀ, ਮਨਿੰਦਰ ਰਾਣਾ, ਅਦਿ ਹਾਜ਼ਰ ਸਨ।

# ਰਾਹੁਲ ਭੰਡਾਰੀ ਵੱਲੋਂ ਸਕੂਲ ਆਫ ਐਮੀਨੈਂਸ ਖਮਾਣੋਂ ਦਾ ਦੌਰਾ

ਫ਼ਤਹਿਗੜ੍ਹ ਸਾਹਿਬ, 24 ਮਈ : (ਹਰਪ੍ਰੀਤ ਕੌਰ ਟਿਵਾਣਾ) ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਬਾਰਵੀਂ ਪਾਸ ਹੋਣ ਮਗਰੋਂ ਭਵਿੱਖ ਦੇ ਸੁਨਹਿਰੀ ਪੰਨਿਆਂ ਉੱਤੇ ਆਪਣਾ ਨਾਮ ਦਰਜ ਕਰਵਾਉਣ ਦੇ ਸਮਰੱਥ ਬਣਾਉਣ ਲਈ 'ਸਕੂਲ ਮੈਂਟਰਸ਼ਿਪ ਪ੍ਰੋਗਰਾਮ' ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਤਹਿਤ ਸੀਨੀਅਰ ਆਈ.ਏ.ਐਸ ਅਤੇ ਆਈ.ਪੀ.ਐਸ ਅਧਿਕਾਰੀ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਦਾ ਮਨੋਬਲ ਉੱਚਾ ਚੁੱਕ ਰਹੇ ਹਨ। ਅੱਜ ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਸ਼੍ਰੀ ਰਾਹੁਲ ਭੰਡਾਰੀ (ਆਈ.ਏ.ਐਸ) ਵੱਲੋਂ ਸਕੂਲ ਆਫ਼ ਐਮੀਨੇਂਸ ਖਮਾਣੋਂ ਦਾ ਦੌਰਾ ਕਰਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਵਿਸਥਾਰ ਵਿੱਚ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਆਪਣੇ ਜੀਵਨ ਤਜਰਬੇ ਉਹਨਾਂ ਨਾਲ ਸਾਂਝੇ ਕਰਦਿਆਂ ਸੇਧ ਦਿੱਤੀ ਗਈ। ਸ਼੍ਰੀ ਰਾਹੁਲ ਭੰਡਾਰੀ ਨੇ ਸਕੂਲ ਵਿੱਚ ਆਰਟਸ, ਮੈਡੀਕਲ, ਨਾਨ ਮੈਡੀਕਲ, ਕਾਮਰਸ ਦੇ ਵਿਦਿਆਰਥੀਆਂ ਨੂੰ ਆਪਣੇ ਹੁਨਰ ਵਿੱਚ ਨਿਰੰਤਰ ਸੁਧਾਰ ਲਿਆਉਣ ਲਈ ਤਨਦੇਹੀ ਨਾਲ ਮਿਹਨਤ ਕਰਨ ਦਾ ਸੱਦਾ ਦਿੱਤਾ। ਉਹਨਾਂ ਕਿਹਾ ਕਿ ਰੋਜ਼ਾਨਾ ਅਖਬਾਰ ਪੜ੍ਹਨ ਦੀ ਆਦਤ ਪਾਈ ਜਾਵੇ ਕਿਉਂਕਿ ਦੁਨੀਆ ਭਰ ਵਿੱਚ ਵਾਪਰਨ ਵਾਲੀਆਂ ਘਟਨਾਵਾਂ ਬਾਰੇ ਜਾਣੂ ਹੋਣ ਨਾਲ ਜਿੱਥੇ ਖੁਦ ਦੇ ਗਿਆਨ ਵਿੱਚ ਵਾਧਾ ਹੁੰਦਾ ਹੈ ਉੱਥੇ ਹੀ ਹੋਰਨਾਂ ਲਈ ਵੀ ਚਾਨਣ ਮੁਨਾਰਾ ਬਣਿਆ ਜਾ ਸਕਦਾ ਹੈ। ਸ਼੍ਰੀ ਭੰਡਾਰੀ ਨੇ ਕਿਹਾ ਕਿ ਜੇਕਰ ਕਿਸੇ ਵੀ ਵਿਦਿਆਰਥੀ ਨੂੰ ਆਪਣੇ ਜੀਵਨ ਟੀਚੇ ਪ੍ਰਾਪਤ ਕਰਨ ਵਿੱਚ ਕਿਤਾਬਾਂ ਜਾਂ ਗਾਈਡੈਂਸ ਦੀ ਲੋੜ ਮਹਿਸੂਸ ਹੋਵੇ ਤਾਂ ਉਹ ਬੇਝਿਜਕ ਆਪਣੇ ਅਧਿਆਪਕਾਂ ਨੂੰ ਜਾਂ ਨਿੱਜੀ ਤੌਰ ਤੇ ਉਹਨਾਂ ਨੂੰ ਜਾਣੂ ਕਰਵਾ ਸਕਦਾ ਹੈ ਅਤੇ ਵਿਦਿਆਰਥੀਆਂ ਦੇ ਅਕਾਦਮਿਕ ਪੱਧਰ ਨੂੰ ਉੱਚਾ ਚੁੱਕਣ ਸਬੰਧੀ ਹਰ ਇੱਕ ਲੋੜ ਨੂੰ ਪੂਰਾ ਕਰਨ ਲਈ ਉਹ ਵਚਨਬਧ ਹਨ। ਸ਼੍ਰੀ ਭੰਡਾਰੀ ਨੇ ਵਿਦਿਆਰਥੀਆਂ ਨੂੰ ਮੋਬਾਈਲ ਜਾਂ ਸੋਸ਼ਲ ਮੀਡੀਆ ਦੇ ਹੋਰ ਸਾਧਨਾਂ ਦੀ ਥਾਂ 'ਤੇ ਪੁਸਤਕਾਂ ਨਾਲ ਨੇੜਿਓਂ ਸਾਂਝ ਪਾਉਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਖੇਡਾਂ, ਆਈਟੀ ਖੇਤਰ, ਸੱਭਿਆਚਾਰ, ਵਿਰਸੇ ਅਤੇ ਹੋਰ ਕਲਾਵਾਂ ਵਿੱਚ ਵੀ ਮੁਹਾਰਤ ਹਾਸਲ ਕੀਤੀ ਜਾਵੇ ਕਿਉਂਕਿ ਕਿਤਾਬੀ ਗਿਆਨ ਦੇ ਨਾਲ ਨਾਲ ਆਪਣੇ ਹੁਨਰ ਨੂੰ ਵੀ ਤਰਾਸ਼ਣ ਦੀ ਲੋੜ ਪੈਂਦੀ ਹੈ। ਉਹਨਾਂ ਨੇ ਇਸ ਦੌਰਾਨ ਵੱਖ ਵੱਖ ਕਲਾਸਾਂ ਵਿੱਚ ਜਾ ਕੇ ਵਿਦਿਆਰਥੀਆਂ ਨਾਲ ਵਿਸ਼ਿਆਂ ਬਾਰੇ ਸਵਾਲ ਜਵਾਬ ਕੀਤੇ ਅਤੇ ਦੱਸਿਆ ਕਿ ਉਹ ਨਿਯਮਤ ਤੌਰ 'ਤੇ ਸਕੂਲ ਵਿੱਚ ਆਉਂਦੇ ਰਹਿਣਗੇ ਅਤੇ ਇਸ ਦਾ ਜਾਇਜ਼ਾ ਵੀ ਲੈਣਗੇ ਕਿ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਉਹਨਾਂ ਦੀਆਂ ਸਲਾਹਾਂ ਉੱਤੇ ਕਿੰਨਾ ਕੁ ਅਮਲ ਕੀਤਾ ਗਿਆ ਹੈ। ਪ੍ਰਿੰਸੀਪਲ ਸਕੱਤਰ ਸ਼੍ਰੀ ਰਾਹੁਲ ਭੰਡਾਰੀ ਨੇ ਸਕੂਲ ਦੇ ਪ੍ਰਿੰਸੀਪਲ ਅਤੇ ਵੱਖ-ਵੱਖ ਵਿਸ਼ਿਆਂ ਦੇ ਅਧਿਆਪਕਾਂ ਨਾਲ, ਵਿਦਿਆਰਥੀਆਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਲਈ ਸਕੂਲ ਵਿੱਚ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵਿਸਥਾਰ ਵਿੱਚ ਸਮੀਖਿਆ ਕੀਤੀ। ਉਹਨਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਲਾਇਬ੍ਰੇਰੀ ਵਿੱਚ ਬੈਠ ਕੇ ਕਿਤਾਬਾਂ ਪੜ੍ਹਨ ਦੀ ਆਦਤ ਪਾਈ ਜਾਵੇ। ਉਹਨਾਂ ਨੇ ਕਿਹਾ ਕਿ ਜਿਹੜੇ ਵਿਦਿਆਰਥੀ ਪਿਛਲੇ ਤਿੰਨ- ਚਾਰ ਸਾਲਾਂ ਵਿੱਚ ਇਸ ਸਕੂਲ ਵਿੱਚੋਂ ਪਾਸ ਆਊਟ ਹੋਏ ਹਨ, ਉਹ ਮੌਜੂਦਾ ਸਮੇਂ ਵਿੱਚ ਕਿੱਥੇ ਕਿੱਥੇ ਉਚੇਰੀ ਪੜ੍ਹਾਈ ਕਰ ਰਹੇ ਹਨ ਉਸ ਬਾਰੇ ਵੀ ਅਧਿਆਪਕ ਜਾਣਕਾਰੀ ਇਕੱਤਰ ਕਰਨ ਕਿਉ ਕਿ ਜੇਕਰ ਵਿਦਿਆਰਥੀ ਨੂੰ ਹਲੇ ਵੀ ਕੋਈ ਸਮੱਸਿਆ ਪੇਸ਼ ਆ ਰਹੀ ਹੋਵੇ ਤਾਂ ਉਸ ਦਾ ਢੁਕਵਾਂ ਹੱਲ ਕਰਵਾਇਆ ਜਾ ਸਕੇ। ਸ਼੍ਰੀ ਭੰਡਾਰੀ ਨੇ ਕਿਹਾ ਕਿ ਸਕੂਲ ਵਿੱਚ ਨਿਯਮਤ ਤੌਰ ਉੱਤੇ ਹੀ ਕੋਈ ਕਾਊਂਸਲਿੰਗ ਲਈ ਸਮਾਂ ਨਿਰਧਾਰਿਤ ਕੀਤਾ ਜਾਵੇ ਜਿਸ ਵਿੱਚ ਕੋਈ ਵੀ ਵਿਦਿਆਰਥੀ ਆਪਣੀ ਪੜ੍ਹਾਈ, ਪਰਿਵਾਰ ਜਾਂ ਜ਼ਿੰਦਗੀ ਨਾਲ ਜੁੜੇ ਸਵਾਲ ਪੁੱਛ ਸਕਣ ਤੇ ਸਾਡੇ ਹੁਨਰਮੰਦ ਤੇ ਮਿਹਨਤੀ ਅਧਿਆਪਕਾਂ ਤੋਂ ਜੀਵਨ ਸੇਧ ਲੈ ਸਕਣ।



# ਕੌਮੀ ਲੋਕ ਅਦਾਲਤ ਵਿਚ 14547 ਕੇਸਾਂ ਦਾ ਕੀਤਾ ਗਿਆ ਨਿਪਟਾਰਾ

ਫਾਜਿਲਕਾ 24 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਚੰਡੀਗੜ੍ਹ ਦੇ ਦਿਸ਼ਾ ਨਿਰਦੇਸ਼ਾਂ ਹੇਠ, ਸ. ਅਵਤਾਰ ਸਿੰਘ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਫਾਜ਼ਿਲਕਾ ਜੀ ਦੀ ਰਹਿਨੁਮਾਈ ਹੇਠ ਅੱਜ 24.05.2025 ਨੂੰ ਜਿਲ੍ਹਾ ਫਾਜਿਲਕਾ, ਅਬੋਹਰ ਅਤੇ ਜਲਾਲਾਬਾਦ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਲੋਕ ਅਦਾਲਤ ਵਿੱਚ ਦੋਨਾਂ ਪਾਰਟੀਆਂ ਦੀ ਆਪਸੀ ਸਹਿਮਤੀ ਨਾਲ ਕਈ ਕੇਸਾਂ ਦਾ ਨਿਪਟਾਰਾ ਕਰਵਾਇਆ ਗਿਆ। ਇਸ ਨੈਸ਼ਨਲ ਲੋਕ ਅਦਾਲਤ ਵਿਚ ਜਿਲ੍ਹਾ ਫਾਜ਼ਿਲਕਾ ਵਿਖੇ 11 ਬੈਂਚ ਲਗਾਏ ਗਏ ਜਿਸ ਵਿਚ 5 ਬੈਂਚ ਫਾਜ਼ਿਲਕਾ, 3 ਬੈਂਚ ਅਬੋਹਰ ਅਤੇ 3 ਬੈਂਚ ਜਲਾਲਾਬਾਦ ਦੇ ਸਨ। ਇਸ ਮੌਕੇ ਤੇ ਫਾਜ਼ਿਲਕਾ ਵਿਖੇ ਸ. ਅਵਤਾਰ ਸਿੰਘ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਫਾਜ਼ਿਲਕਾ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ 16303 ਕੇਸ ਲਗਾਏ ਗਏ ਜਿਸ ਵਿੱਚ 14547 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ



22,13,57,071 ਰੁਪਏ ਦੇ ਅਵਾਰਡ ਪਾਸ ਕੀਤੇ ਗਏ। ਮੈਡਮ ਰੁਚੀ ਸਵੱਪਨ ਸ਼ਰਮਾ, ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਜੀ ਨੇ ਦੱਸਿਆ ਕਿ ਇਹਨਾਂ ਲੋਕ ਅਦਾਲਤਾਂ ਦੇ ਨਾਲ ਜਿੱਥੇ ਆਮ ਲੋਕਾਂ ਨੂੰ ਰਾਹਤ ਮਿਲਦੀ ਹੈ ਉੱਥੇ ਉਹਨਾਂ ਲੋਕਾ ਦੇ ਸਮਾਂ ਅਤੇ ਪੈਸੇ ਦੀ ਵੀ ਬੱਚਤ ਹੁੰਦੀ ਹੈ। ਲੋਕ ਅਦਾਲਤ ਦੁਆਰਾ ਦੋਨੋ ਪਾਰਟੀਆਂ ਵਿੱਚ ਆਪਸੀ ਦੁਸ਼ਮਣੀ ਖਤਮ ਹੋ ਜਾਂਦੀ ਹੈ ਅਤੇ ਭਾਈਚਾਰਾ ਵੱਧਦਾ ਹੈ। ਲੋਕ ਅਦਾਲਤ ਵਿੱਚ ਫੈਸਲਾਂ ਹੋਣ ਤੋਂ ਬਾਅਦ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵਾਪਿਸ ਮਿਲ ਜਾਂਦੀ ਹੈ। ਇਸਦੇ ਫੈਸਲੇ ਨੂੰ ਦੀਵਾਨੀ ਅਦਾਲਤ ਦੀ ਡਿਗਰੀ ਦੀ ਮਾਨਤਾ ਪ੍ਰਾਪਤ ਹੈ। ਇਸ ਦੇ ਫੈਸਲੇ ਦੇ ਖਿਲਾਫ਼ ਕੋਈ ਅਪੀਲ ਨਹੀਂ ਹੋ ਸਕਦੀ। ਉਹਨਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਕੇਸਾਂ ਦਾ ਲੋਕ ਅਦਾਲਤ ਵਿੱਚ ਫੈਸਲਾ ਕਰਾ ਕੇ ਵੱਧ ਤੋਂ ਵੱਧ ਲਾਭ ਉਠਾਓ। ਇਥੇ ਇਹ ਵੀ ਦੱਸਣਯੋਗ ਹੈ ਕਿ ਮੁਫਤ ਕਾਨੂੰਨੀ ਸਲਾਹ ਅਤੇ ਵਕੀਲ ਲਈ ਤੁਸੀਂ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜਿਲਕਾ ਦੇ ਦਫਤਰ ਵਿੱਚ ਬਨੇ ਫਰੰਟ ਆਫਿਸ ਵਿੱਚ ਕੇਸ ਲਗਾ ਸਕਦੇ ਹੋ ਅਤੇ ਵਧੇਰੀ ਜਾਣਕਾਰੀ ਲਈ ਟੋਲ ਫਰੀ ਨੰ 15100 ਜਾਂ ਦਫਤਰ ਦਾ ਨੰ. 01638-261500 ਤੇ ਸੰਪਰਕ ਕਰ ਸਕਦੇ ਹੋ।

# ਪਹਿਲਗਾਮ 'ਚ ਸੈਲਾਨੀਆਂ ਲਈ ਜਾਨ ਕੁਰਬਾਨ ਕਰਨ ਵਾਲੇ ਆਦਿਲ ਹੁਸੈਨ ਦੇ ਪਰਿਵਾਰ ਦੀ ਸਿੱਖਸ ਆਫ਼ ਅਮਰੀਕਾ ਦੇ ਮੈਬਰਾਂ ਨੇ ਕੀਤੀ ਮਾਲੀ ਮਦਦ

ਵਾਸ਼ਿੰਗਟਨ, 24 ਮਈ: (ਚ.ਨ.ਸ) ਸਿੱਖਸ ਆਫ ਅਮਰੀਕਾ ਜਿੱਥੇ ਅੰਤਰਰਾਸ਼ਟਰੀ ਪੱਧਰ 'ਤੇ ਸਿੱਖੀ ਦੀ ਵੱਖਰੀ ਪਛਾਣ ਤੇ ਪ੍ਰਚਾਰ ਲਈ ਲਗਾਤਾਰ ਸੰਘਰਸ਼ ਕਰ ਰਹੀ ਹੈ, ਉਥੇ ਇਸ ਸੰਸਥਾ ਵੱਲੋਂ ਕੁਦਰਤੀ ਆਫ਼ਤਾਂ ਵੇਲੇ ਵੀ ਮੋਹਰੀ ਰੋਲ ਨਿਭਾਇਆ ਜਾਂਦਾ ਹੈ। ਇਸ ਸੰਬੰਧੀ ਚੇਅਰਮੈਨ ਜਸਪ੍ਰੀਤ ਸਿੰਘ ਜੱਸੀ ਵੱਲੋਂ ਆਪਣੇ ਸਾਥੀਆਂ ਦੇ ਸਹਿਯੋਗ ਨਾਲ ਲਗਾਤਾਰ ਹੀ ਲੋੜਵੰਦਾਂ ਦੀ ਸਹਾਇਤਾ ਕੀਤੀ ਜਾਂਦੀ ਰਹਿੰਦੀ ਹੈ। ਬੀਤੇ ਦਿਨੀ ਚੇਅਰਮੈਨ ਜਸਪ੍ਰੀਤ ਸਿੰਘ ਜੱਸੀ ਦੀ ਅਗਵਾਈ 'ਚ ਜਿਥੇ ਪਹਿਲਗਾਮ ਅੱਤਵਾਦੀ ਹਮਲੇ ਵਿੱਚ ਮਾਰੇ ਗਏ ਗ੍ਰੰਥੀ ਸਿੰਘ ਦੇ ਪਰਿਵਾਰ ਦੀ 2 ਲੱਖ ਰੁਪਏ ਨਾਲ ਮਾਲੀ ਮਦਦ ਕੀਤੀ ਗਈ,ਉਥੇ ਇਸ ਅੱਤਵਾਦੀ ਹਮਲੇ ਦੌਰਾਨ ਸੈਲਾਨੀਆਂ ਨੂੰ ਬਚਾਉਣ ਲਈ ਕੋਸ਼ਿਸ਼ ਕਰਦਿਆਂ ਆਪਣੀ ਜਾਨ ਗਵਾਉਣ ਵਾਲੇ ਬਹਾਦਰ ਨੌਜਵਾਨ ਆਦਿਲ ਹੁਸੈਨ ਦੇ ਪਰਿਵਾਰ ਦੀ ਮਾਲੀ ਮਦਦ ਕਰਨ ਲਈ ਉਪਰਾਲਾ ਕੀਤਾ ਗਿਆ ਹੈ। ਸਿੱਖਸ ਆਫ ਅਮਰੀਕਾ ਦੀ ਟੀਮ ਨੇ ਚੇਅਰਮੈਨ ਜਸਪ੍ਰੀਤ ਸਿੰਘ ਜੱਸੀ ਵੱਲੋਂ ਜਾਰੀ 2 ਲੱਖ ਰੁਪਏ ਦਾ ਚੈਕ ਆਦਿਲ ਦੇ ਪਰਿਵਾਰ ਨੂੰ ਭੇਟ ਕੀਤਾ। ਇਸ ਮੌਕੇ ਚੇਅਰਮੈਨ ਜਸਦੀਪ ਸਿੰਘ ਜੱਸੀ ਵੱਲੋਂ ਆਦਿਲ ਦੇ ਪਿਤਾ ਨਾਲ ਵੀਡੀਓ ਕਾਲ 'ਤੇ ਗੱਲਬਾਤ ਕਰਦਿਆਂ ਕਿਹਾ ਗਿਆ ਉਸ ਦੇ ਬੇਟੇ ਦੀ ਕੁਰਬਾਨੀ 'ਤੇ ਭਾਰਤੀਆਂ ਨੂੰ ਹੀ ਨਹੀਂ ਸਗੋਂ ਸਮੁੱਚੀ ਦੁਨੀਆਂ 'ਚ ਵਸਦੇ ਅਮਨ ਪਸੰਦ ਲੋਕਾਂ ਨੂੰ ਮਾਣ ਹੈ। ਜੱਸੀ ਨੇ ਕਿਹਾ ਕਿ ਉਹ ਭਵਿੱਖ 'ਚ ਵੀ ਪਰਿਵਾਰ ਨਾਲ ਜੁੜੇ ਰਹਿਣਗੇ ਅਤੇ ਲੋੜੀਂਦੀ ਮਦਦ ਕਰਦੇ ਰਹਿਣਗੇ।


## ਸਿਰਲੇਖਵਾਰ ਇਸ਼ਤਿਹਾਰ/Classified Advertisements

(U/o 5 Rule 20 CPC)
In the Court of
Ms. Balvinder Kaur Dhaliwal
Additional Civil Judge Senior Division-2, Ferozepur
CNR No.PBFZ02-001762-2024
Next Date: 14.07.2025
EXE/496/2024
The Ferozepur Central Cooperative Bank Limited
Versus
Anil Kumar
Notice to: 1. Anil Kumar S/o Gurbachan Lal R/o MIstrian Wali Gali, Inside Multani Gate, Ferozepur City 2. Rakesh Kumar S/o Om Parkash R/o Mandir Wali Gali, Inside Bansi Gate , Ferozepur City. 3. Ashok Kumar S/o Ghansham Dass, R/o 36, Suraj Avenue, Ishewala Road, Ferozepur City, Tehsil and District Ferozepur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **14.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 22-04-2025
Sd/- Additional Civil Judge Senior Division-2, Ferozepur

(U/o 5 Rule 20 CPC)
In the Court of
Sh. Karamjit Singh Sullar
Additional District and Sessions Judge, Hoshiarpur
CNR No. PBHO01-009441-2023
Next Date: 28.07.2025
Sukhwinder Singh, aged 52 Years S/o Sh. Gian Singh, resident of Village Moela (Wahidpur) Tehsil Garhshankar, District Hoshiarpur
.......Appellant/Plaintiff
Versus
Gurmail Singh S/o Kishna S/o Ganesha, (now deceased) Through his LRs R/o Village Moela (Wahidpur), Tehsil Garhshankar, Distt. Hoshiarpur and other
.....respondent
Against the Judgement and decree dated 13.10.2023 passed by the court of Sh. Gursher Singh, L.d Addl. Civil Judge Sr. Division, Garhshankar in CS/7/2018
Notice to: 1. Gurmail Singh S/o Kishna S/o Ganesha, (now deceased) Through his LRs 1a) Paramjit Singh (son) 1b) Sweeti Kaur (daughter) 1c) Billo Kaur (daughter) 1d) Mane Kaur (daughter) 1e) Mundo Kaur (daughter) All R/o Village Moela (Wahidpur), Tehsil Garhshankar, District Hoshiarpur 2. Surinder Kaur W/o Gurmail Singh, 4. Rajinder Kaur W/o Kesar Singh S/o Inder Singh, Both R/o Village Wahidpur, Tehsil Garhshankar, District Hoshiarpur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **28.**07.2025 at 10:00 A.M.
For details logon to https://highcourtchd.gov.in/?trs=district_notice&district=Hoshiarpur
Dated, this day of 21-05-2025
Sd/- Additional District and Sessions Judge, Hoshiarpur

(U/o 5 Rule 20 CPC)
In the Court of
Ms. Papneet
Civil Judge (Junior Division), Balachaur
CNR No. PBSBA0-000271-2020
Next Date: 08.07.2025
Narinder Singh
Versus
Pushpa Devi
Notice to: No 15 Ajit Singh Father:- Gurbachan Singh R/o Ward No. 9 Balachaur, Distt SBS Nagar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **08.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 22-04-2025
Sd/- Civil Judge (Junior Division), Balachaur

(U/o 5 Rule 20 CPC)
In the Court of
Ms. Roopa Dhaliwal
Additional Civil Judge Senior Division, Muktsar
CNR No. PBSM02-000320-2025
Next Date: 10.07.2025
Pawan Kumar
Versus
General Pubilc
Notice to: General Pubilc Muktsar
In above titled suit the defendants could not be served. It published be effected on or before 01.06.2025 It is ordered that defendants should appear in person or through counsel on **10.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 09-05-2025
Sd/- Additional Civil Judge Senior Division, Muktsar

(U/o 5 Rule 20 CPC)
In the Court of
Sh. Jagmeet Singh
Additional Civil Judge (Senior Division), Rupnagar
CNR No. PBRO02-001781-2023
Next Date: 11.07.2025
CS/1178/2023
Iqbal Singh
Versus
Kulbir Singh
The Plaintiff prays for partition of the suit property mentioned in the suit
Notice to: 8. Gurjind Singh son of Mehar Singh Son of Joginder Singh H.No. 4032, ATS Casa ESpana, Sector-121, Near Balongi, SAS Nagar, Distt-SAS Nagar,
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **11.**07.2025 at 10:00 A.M.
For details logon to https://highcourtchd.gov.in/?mod=district_notice&district=Rupnagar
Dated, this day of 30-04-2025
Sd/- Additional Civil Judge (Senior Division), Rupnagar

(U/o 5 Rule 20 CPC)
In the Court of
Sh. Taranjeet Singh
Additional Civil Judge (Senior Division),
CNR No. PBSMA0-000550-2024
Next Date: 17.07.2025
Bharat Kumar Minor
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **17.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 21-05-2025
Sd/- Additional Civil Judge (Senior Division),

(U/o 5 Rule 20 CPC)
In the Court of
Sh. Amit Bakshi
Civil Judge (Junior Division), Ludhiana
CNR No. PBLD02-011780-2024
Next Date: 11.07.2025
Mahendra Prasad
Versus
Ajeemul Haq Ansari
Notice to: Ajeemul Haq Ansari @ Ajeemul Haq S/o Badrool Haq Ansari R/o New Ekta Nagar Village Bajra Tehsil and District Ludhiana.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **11.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 16-04-2025
Sd/- Civil Judge (Junior Division), Ludhiana

(U/o 5 Rule 20 CPC)
In the Court of
Ms. Rajwant Kaur
Civil Judge (Senior Division), Pathankot
CNR No. PBPO02-000489-2025
Next Date: 23.07.2025
Santosh Kumari
Versus
Parkasho Devi
Suit for Declaration to the effect that Plaintiffs are agnates of Late Sh. Karam Chand in light of Section 8 Clause 3 of the Hindu Succession Act, 1956
Notice to: General Public:- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **23.**07.2025 at 10:00 A.M.
For details logon to https://highcourtchd.gov.in/?mod=district_notice&district=pathankot
Dated, this day of 19-05-2025
Sd/- Civil Judge (Senior Division), Pathankot

(U/o 5 Rule 20 CPC)
In the Court of
Ms. Lovejinder Kaur
Additional Civil Judge (Senior Division), Balachaur
CNR No. PBSBA0-000097-2025
Next Date: 18.07.2025
CS-49-2025
Naranjan Singh S/o Banta Singh
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **18.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 19-05-2025
Sd/- Additional Civil Judge (Senior Division), Balachaur

(U/o 5 Rule 20 CPC)
(Under Guardian and Ward Act)
In the Court of
Sh. Jasvir Singh
Additional Principal Judge Family Court-II, Jalandhar
CNR No. PBJL01-006900-2025
Next Date: 21.07.2025
Rakesh Kumar
Versus
Poonam
Notice to: General Pubilc General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **21.**07.2025 at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 20-05-2025
Sd/- Additional Principal Judge Family Court, Jalandhar(Duty)

**ਚੰਡੀਗੜ੍ਹ ਈਐਸਆਈਸੀ ਕਰਮਚਾਰੀ ਸਹਿਕਾਰੀ ਘਰ ਇਮਾਰਤ (ਪਹਿਲੀ) ਸੁਸਾਇਟੀ ਲਿਮਟਿਡ ਪਲਾਟ ਨੰ. 01, ਸੈਕਟਰ 51-ਬੀ ਚੰਡੀਗੜ੍ਹ**

ਜਨਤਕ ਸੂਚਨਾ

ਆਮ ਜਨਤਾ ਅਤੇ ਸਾਰੇ ਸਬੰਧਤ ਧਿਰਾਂ ਦੀ ਜਾਣਕਾਰੀ ਲਈ ਇਹ ਕਿ ਸ਼੍ਰੀ ਅਨਿਲ ਕੁਮਾਰ ਚੌਧਰੀ, ਆਧਾਰ ਨੰਬਰ 7387 8191 1858 ਅਤੇ ਸ਼੍ਰੀ ਅਸ਼ਵਨੀ ਕੁਮਾਰ ਚੌਧਰੀ, ਆਧਾਰ ਨੰਬਰ 7366 1447 8104, ਦੋਵੇਂ ਵਾਸੀ # 215, ਲੀਐਲ ਟੀਡੀਆਈ ਸਿਟੀ, ਸੈਕਟਰ 110-111, ਖਰੜ, ਐਸਏਐਸ ਨਗਰ (ਮੋਹਾਲੀ), ਪੰਜਾਬ- 140301, ਦੋਵੇਂ 50% ਸ਼ੇਅਰ ਧਾਰਕ / ਮਾਲਕ ਫਲੈਟ ਨੰਬਰ 1593, ਪਹਿਲੀ ਮੰਜ਼ਿਲ, ਸ਼੍ਰੇਣੀ ਏ ਚੰਡੀਗੜ੍ਹ ਈਐਸਆਈਸੀ ਕਰਮਚਾਰੀ ਸਹਿਕਾਰੀ ਘਰ ਇਮਾਰਤ (ਪਹਿਲੀ) ਸੁਸਾਇਟੀ ਲਿਮਟਿਡ ਪਲਾਟ ਨੰ. 01, ਸੈਕਟਰ-51 ਬੀ ਚੰਡੀਗੜ੍ਹ, ਨੇ ਹੇਠ ਹਸਤਾਖਰ ਕਰਨ ਵਾਲਿਆਂ ਨੂੰ ਸੂਚਿਤ ਕੀਤਾ ਹੈ ਕਿ ਉਨ੍ਹਾਂ ਨੇ ਸ੍ਰੀ ਮੋਹਿਤ ਹਾਂਡਾ, ਆਧਾਰ ਨੰਬਰ 9415 7724 1226 ਅਤੇ ਸ੍ਰੀਮਤੀ ਸੋਨੀਆ ਹਾਂਡਾ ਆਧਾਰ ਨੰਬਰ 8095 1711 7296, ਦੋਵੇਂ ਵਾਸੀ ਫਲੈਟ ਨੰਬਰ 1593, ਈਐਸਆਈਸੀ ਸੋਸਾਇਟੀ ਸੈਕਟਰ 51-ਬੀ, ਚੰਡੀਗੜ੍ਹ-160047 ਨਾਲ ਉਕਤ ਫਲੈਟ ਵੇਚਣ ਲਈ ਇੱਕ ਸਮਝੌਤਾ ਕੀਤਾ ਹੈ। ਦੋਵਾਂ ਧਿਰਾਂ (ਵਿਕਰੇਤਾ ਅਤੇ ਖਰੀਦਦਾਰ) ਨੇ ਸਬ-ਕਨਵੈਂਸ/ਵਿਕਰੀ ਡੀਡ ਦੇ ਲਾਗੂ ਕਰਨ ਲਈ ਉਕਤ ਫਲੈਟ ਨਾਲ ਸਬੰਧਤ ਟ੍ਰਾਂਸਫਰ/ਐਨਓਸੀ ਦੀ ਬੇਨਤੀ ਕੀਤੀ ਹੈ। ਜੇਕਰ ਕਿਸੇ ਵਿਅਕਤੀ ਨੂੰ ਉਪਰੋਕਤ ਫਲੈਟ ਦੇ ਹਿੱਸੇ ਨੂੰ ਖਰੀਦਦਾਰ ਸ੍ਰੀ ਮੋਹਿਤ ਹਾਂਡਾ ਅਤੇ ਸ੍ਰੀਮਤੀ ਸੋਨੀਆ ਹਾਂਡਾ ਦੇ ਨਾਮ 'ਤੇ ਵੇਚਣ/ਟ੍ਰਾਂਸਫਰ ਕਰਨ ਸੰਬੰਧੀ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕਰਨ ਵਾਲੇ ਦੇ ਸਾਹਮਣੇ ਸੰਬੰਧਿਤ ਸਬੂਤਾਂ ਦੇ ਨਾਲ ਇਤਰਾਜ਼ ਜਮ੍ਹਾ ਕਰਵਾ ਸਕਦਾ ਹੈ ਅਤੇ ਇਸ ਮਿਆਦ ਦੀ ਸਮਾਪਤੀ ਤੋਂ ਬਾਅਦ ਹੇਠ ਹਸਤਾਖਰ ਕਰਨ ਵਾਲੇ ਦੁਆਰਾ ਕੋਈ ਇਤਰਾਜ਼/ਬੇਨਤੀ ਨਹੀਂ ਮੰਨੀ ਜਾਵੇਗੀ।

ਪ੍ਰਧਾਨ ਚੰਡੀਗੜ੍ਹ ਈਐਸਆਈਸੀ ਕਰਮਚਾਰੀ ਸਹਿਕਾਰੀ ਹਾਊਸ ਬਿਲਡਿੰਗ (ਪਹਿਲੀ) ਸੋਸਾਇਟੀ ਲਿਮਟਿਡ, ਪਲਾਟ ਨੰਬਰ 1, ਸੈਕਟਰ 51-ਬੀ, ਚੰਡੀਗੜ੍ਹ ਮੋਬਾਈਲ: 9041014464

## ਬੇਦਖਲੀ ਸੂਚਨਾ

ਮੈਂ, ਕੁਲਵਿੰਦਰ ਸਿੰਘ ਪੁੱਤਰ ਸ੍ਰੀ ਦਿਲਬਾਗ ਸਿੰਘ ਵਾਸੀ ਕੀਰਤਪੁਰ ਸਾਹਿਬ, ਤਹਿਸੀਲ ਸ੍ਰੀ ਅਨੰਦਪੁਰ ਸਾਹਿਬ, ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਜਸਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਦੁਖੀ ਅਤੇ ਪ੍ਰੇਸ਼ਾਨ ਹੋ ਕੇ ਆਪਣੀ ਪੁੱਤਰੀ ਨੂੰ ਆਪਣੀ ਚੱਲ ਅਤੇ ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਅਗਰ ਉਕਤ ਅਤੇ ਉਸਦੇ ਪਤੀ ਅਕਬਰ ਖਾਨ ਨਾਲ ਕੋਈ ਕਿਸੇ ਤਰ੍ਹਾਂ ਦਾ ਲੈਣ-ਦੇਣ ਕਰਦਾ ਹੈ ਤਾਂ ਉਸ ਲਈ ਉਹ ਖੁਦ ਜ਼ਿੰਮੇਵਾਰ ਹੋਣਗੇ, ਮੇਰਾ ਜਾਂ ਮੇਰੇ ਕਿਸੇ ਵੀ ਹੋਰ ਪਰਿਵਾਰਕ ਮੈਂਬਰ ਦਾ ਇਸ ਨਾਲ ਕੋਈ ਤਾਲੁਕ ਵਾਸਤਾ ਨਹੀਂ ਹੋਵੇਗਾ।


## ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।
-ਇਸ਼ਤਿਹਾਰ ਮੈਨੇਜਰ


**ਭਾਰਤੀਯ ਰੇਲ**
**ਪਟਿਆਲਾ ਲੋਕੋਮੋਟਿਵ ਵਰਕਸ**
ਪਟਿਆਲਾ —147 003,
ਫੋਨ : 2396000, 2396001, ਫੈਕਸ : 91-0175-2306413

ਈ-ਨਿਵਿਦਾ ਸੂਚਨਾ
ਸਾਨੂੰ ਮਿਲੋ: www.ireps.gov.in

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਵਲੋਂ ਉਪ ਮੁੱਖ ਬਿਜਲੀ ਇੰਜੀਨੀਅਰ/ਪ੍ਰੋਜੈਕਟ ਅਤੇ ਫੈਕਟਰੀ ਮੈਨੇਜਰ, ਪਟਿਆਲਾ ਰੇਲ ਇੰਜਣ ਕਾਰਖਾਨਾ, ਪਟਿਆਲਾ, ਪੰਜਾਬ ਦੁਆਰਾ ਹੇਠਾਂ ਲਿਖਤ ਕੰਮ ਦੇ ਲਈ ਤੈਅ ਫਾਰਮ ਤੇ ਈ-ਨਿਵਿਦਾ ਵੈਬਸਾਈਟ www.ireps.gov.in 'ਤੇ ਮੰਗ ਕਰਦੇ ਹਨ। ਨਿਵਿਦਾ ਆਫਰਜ ਟੈਂਡਰ ਖੁਲਣ ਦੀ ਮਿਤੀ ਤਕ 15:00 ਵਜੇ ਤਕ ਅਪਲੋਡ ਕੀਤੀ ਜਾ ਸਕਦੀ ਹੈ ਅਤੇ ਉਸੇ ਦਿਨ 15:30 ਵਜੇ ਖੋਹਲੀ ਜਾਵੇਗੀ। ਨਿਵਿਦਾਕਰਤਾ ਤੈਅ ਸਮੇਂ ਅਤੇ ਮਿਤੀ ਤਕ ਆਪਣੇ ਮੂਲ ਦਸਤਾਵੇਜ ਵੈਬਸਾਈਟ ਤੇ ਅਪਲੋਡ ਕਰ ਸਕਦੇ ਹਨ। ਕੋਈ ਨਿਵਿਦਾ ਮੈਨੂਅਲ ਸਵੀਕਾਰ ਨਹੀਂ ਕੀਤੀ ਜਾਵੇਗੀ।

| | | | |
|---|---|---|---|
| ਨਿਵਿਦਾ ਨੰ. | ਪੀ.ਐਲ.ਡਬਲਯੂ.-ਐਮ.-ਏ.ਐਮ.ਸੀ.-ਐਫ.ਈ.-2025-01 | | |
| ਕੰਮ ਦਾ ਨਾਮ | ਪਟਿਆਲਾ ਵਿਖੇ ਪੀ.ਐਲ.ਡਬਲਯੂ ਦੇ ਪ੍ਰਸ਼ਾਸਨ ਭਵਨ ਅਤੇ ਵਖ-ਵਖ ਸ਼ਾਪ / ਯੂਨਿਟ ਵਿਚ ਦੋ ਵਰਿਆਂ ਦੇ ਸਮੇਂ ਵਾਸਤੇ ਏ,ਬੀ,ਸੀ, ਟਾਈਪ ਸਿਲਿੰਗ ਮਾਊਂਟਿੰਗ ਫਾਇਰ ਐਕਸਟਿੰਗਯੂਸ਼ਰ ਕੈਪੇਸਿਟੀ 5 ਕਿਲੋਗ੍ਰਾਮ ਅਤੇ 4.5, 6.5,6.8, 9.5, 15 ਅਤੇ 45 ਕਿਲੋਗ੍ਰਾਮ ਕੈਪੇਸਿਟੀ ਦੇ ਸੀਓ ਦੋ ਟਾਈਪ ਫਾਇਰ ਐਕਸਟਿੰਗਯੂਸ਼ਰ ਦੇ ਨਿਰੀਖਣ, ਹਾਈਡ੍ਰੋਲਿਕ ਟੈਸਟਿੰਗ, ਪੁਰਜਿਆਂ ਨਾਲ ਰਖ-ਰਖਾਅ ਅਤੇ ਰਿਫਿਲ ਦੇ ਰਖਰਖਾਅ ਕਾਂਟਰੈਕਟ ਦਾ ਕੰਮ। | | |
| ਕੰਮ ਦੀ ਅੰਦਾਜਨ ਲਾਗਤ (ਰੂ. ਵਿਚ) | ₹1,61,117.20 | ਜਮਾਨਤ ਰਾਸ਼ੀ (ਰੂ ਵਿਚ) | ₹3,200/- |
| ਸਮਾਪਤੀ ਦਾ ਸਮਾਂ | ਦੋ ਸਾਲ | ਨਿਵਿਦਾ ਬੰਦ ਹੋਣ ਦੀ ਮਿਤੀ | 16.06.2025 ਨੂੰ 15:00 ਵਜੇ |

ਨਿਵਿਦਾ ਦਸਤਾਵੇਜ ਰੇਲਵੇ ਦੀ ਵੈਬਸਾਈਟ www.ireps.gov.in ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ ਨਿਵਿਦਾ ਦੇ ਹੋਰ ਸਾਰੇ ਨਿਯਮ ਅਤੇ ਸ਼ਰਤਾਂ ਰੇਲਵੇ ਦੀ ਵੈਬਸਾਈਟ www.ireps.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ। ਈ-ਟੈਂਡਰਿੰਗ ਦੇ ਸਬੰਧ ਵਿਚ ਜਮਾਨਤ ਰਾਸ਼ੀ ਦਾ ਮੂਲ ਕੇਵਲ ਈ ਪੇਮੇਂਟ ਗੇਟਵੇ ਜਾਂ ਨਿਵਿਦਾ ਦਸਤਾਵੇਜ ਵਿਚ ਉਲੇਖ ਕੀਤੇ ਗਏ ਮਾਧਿਅਮ ਨਾਲ ਸਵੀਕਾਰ ਕੀਤੇ ਜਾਣਗੇ। 1533/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਸਟੇਟ ਬੈਂਕ ਆਫ ਇੰਡੀਆ**
ਹੋਮ ਲੋਨ ਸੈਂਟਰ, ਪਹਿਲੀ ਮੰਜ਼ਿਲ, ਸ਼ਹੀਦ ਊਧਮ ਸਿੰਘ ਚੌਕ, ਫਿਰੋਜ਼ਪੁਰ

**ਮੰਗ ਸੂਚਨਾ** — ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (ਇੱਥੇ ਬਾਅਦ ਵਿੱਚ "ਕਾਨੂੰਨ" ਵਜੋਂ ਸੱਦਿਆ ਗਿਆ) ਦੀ ਧਾਰਾ 13 (2) ਦੇ ਅਧੀਨ ਸੂਚਨਾ

ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨਲਿਖਤ ਕਰਜ਼ਦਾਰਾਂ (ਕਰਜ਼ਦਾਰ) (ਸਹਿ ਕਰਜ਼ਦਾਰ) ਨੇ ਬੈਂਕ ਤੋਂ ਉਨ੍ਹਾਂ ਨੂੰ ਪ੍ਰਾਪਤ ਕਰਜ਼ ਸਹੂਲਤ ਦੇ ਮੂਲ ਅਤੇ ਵਿਆਜ ਦੇ ਪੁਨਰ ਭੁਗਤਾਨ ਵਿਚ ਕੁਤਾਹੀ ਕੀਤੀ ਹੈ ਅਤੇ ਕਰਜ਼ੇ ਨੂੰ ਗੈਰ ਕਾਰਗੁਜ਼ਾਰੀ ਵਾਲੀਆਂ ਸੰਪੱਤੀਆਂ (ਐਨਪੀਏ) ਵਜੋਂ ਵਰਗੀਕ੍ਰਿਤ ਕੀਤਾ ਗਿਆ ਹੈ। ਪੰਜੀਕ੍ਰਿਤ/ਸਪੀਡ ਪੋਸਟ ਦੁਆਰਾ ਕਰਜ਼ਦਾਰ(ਾਂ)/ਜ਼ਾਮਨ(ਾਂ) ਨੂੰ ਉਨ੍ਹਾਂ ਦੇ ਨਿਮਨ ਲਿਖਤ ਪਤਿਆਂ 'ਤੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13 (2) ਦੇ ਅਧੀਨ ਉਨ੍ਹਾਂ ਦੇ ਆਖ਼ਰੀ ਜਾਣੂੰ ਪਤਿਆਂ 'ਤੇ ਸੂਚਨਾਵਾਂ ਭੇਜੀਆਂ ਗਈਆਂ ਸਨ, ਪਰ ਉਹ ਅਣ-ਤਾਮੀਲੀਆਂ ਪਰਤ ਆਈਆਂ ਅਤੇ ਇਸ ਲਈ ਉਨ੍ਹਾਂ ਨੂੰ ਇਸ ਦੁਆਰਾ ਜਨਤਕ ਸੂਚਨਾ ਦੇ ਮਾਧਿਅਮ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਖਾਤਾ, ਕਰਜ਼ਦਾਰ (ਾਂ)/ਜ਼ਾਮਨ(ਾਂ) ਦੇ ਨਾਮ | ਚੱਲ/ਅਚੱਲ ਸੰਪੱਤੀਆਂ ਦੇ ਵੇਰਵੇ | ਐਨਪੀਏ ਦੀ ਮਿਤੀ | ਮੰਗ ਸੂਚਨਾ ਦੀ ਮਿਤੀ | ਬਕਾਇਆ ਦੇਣਦਾਰੀ |
|---|---|---|---|---|
| ਰੇਲਵੇ ਰੋਡ ਕੋਟਕਪੂਰਾ (50040) ਸ੍ਰੀ ਰਵਿੰਦਰ ਸਿੰਘ ਬਰਾੜ ਪੁੱਤਰ ਹਰਬੰਸ ਸਿੰਘ (ਕਰਜ਼ਦਾਰ), ਗਲੀ ਨੰ: 6, ਬਸੰਤ ਨਗਰ, ਦੇਵੀ ਵਾਲਾ ਰੋਡ, ਕੋਟਕਪੂਰਾ ਜ਼ਿਲ੍ਹਾ ਫ਼ਰੀਦਕੋਟ। | 250 ਵਰਗ ਗਜ਼ ਦੀ ਜ਼ਮੀਨ 'ਤੇ ਬਣਿਆ ਰਿਹਾਇਸ਼ੀ ਘਰ, ਜੋ ਕਿ 500 ਵਰਗ ਗਜ਼ (16.52 ਮਰਲੇ) ਦੀ ਜ਼ਮੀਨ ਦੇ ਪਲਾਟ 'ਤੇ ਬਣਿਆ ਮਕਾਨ ਦੀ ਜਾਇਦਾਦ ਦਾ 1/2 ਹਿੱਸਾ ਹੈ, ਜਿਸ 'ਤੇ ਖਸਰਾ ਨੰਬਰ 2314 ਸਾਂਝੇ ਤੌਰ 'ਤੇ ਸ੍ਰੀ ਰਵਿੰਦਰ ਸਿੰਘ (ਉੱਤਰ ਦਿਸ਼ਾ) ਅਤੇ ਸ੍ਰੀ ਲਵਦੀਪ ਸਿੰਘ (ਦੱਖਣ ਦਿਸ਼ਾ) ਪੁੱਤਰ ਸ੍ਰੀ ਹਰਬੰਸ ਸਿੰਘ ਦੇ ਨਾਮ 'ਤੇ ਸਬ ਰਜਿਸਟਰਾਰ ਕੋਟਕਪੂਰਾ ਕੋਲ ਵਿਕਰੀ ਡੀਡ ਨੰਬਰ 896 ਮਿਤੀ 25.06.2003 ਦੁਆਰਾ ਰਜਿਸਟਰਡ ਹੈ। ਇਹ ਬਸੰਤ ਨਗਰ, ਦੇਵੀ ਵਾਲਾ ਰੋਡ, ਕੋਟਕਪੂਰਾ ਜ਼ਿਲ੍ਹਾ ਫਰੀਦਕੋਟ ਵਿਖੇ ਸਥਿਤ ਹੈ ਅਤੇ ਹੱਦਬੰਦੀ ਇਸ ਪ੍ਰਕਾਰ ਹੈ: ਪੂਰਬ: 75' ਰੋਡ, ਪੱਛਮ: 75' ਹਰਬੰਸ ਸਿੰਘ, ਉੱਤਰ: 60' ਰਸਤਾ ਦੱਖਣ: 60' ਜਸਵਿੰਦਰ ਸਿੰਘ | 01.04.2025 | 14.05.2025 | Rs. 2,75,378.09 14.05.2025 ਦੇ ਅਨੁਸਾਰ ਭਾਵੀ ਵਿਆਜ, ਅਚਨਚੇਤੀ ਖਰਚਿਆਂ, ਲਾਗਤਾਂ, ਫੀਸਾਂ ਆਦਿ ਸਮੇਤ |
| ਸਾਦਿਕ ਰੋਡ, ਮੈਡੀਕਲ ਕੈਂਪਸ, ਫਰੀਦਕੋਟ 1. ਸ਼੍ਰੀਮਤੀ ਕਰਮਜੀਤ ਕੌਰ ਪਤਨੀ ਸ੍ਰੀ ਇਕਬਾਲ ਸਿੰਘ (ਕਰਜ਼ਦਾਰ) ਗਲੀ ਨੰਬਰ 12 ਦੇ ਅੱਗੇ, ਪੁਲਿਸ ਲਾਈਸ ਦੇ ਪਿੱਛੇ, ਡੋਗਰ ਬਸਤੀ, ਫਰੀਦਕੋਟ 2. ਸ਼੍ਰੀ ਇਕਬਾਲ ਸਿੰਘ ਪੁੱਤਰ ਸ਼੍ਰੀ ਸ਼ੇਰ ਸਿੰਘ (ਸਹਿ-ਕਰਜ਼ਦਾਰ) ਗਲੀ ਨੰਬਰ 12 ਦੇ ਅੱਗੇ, ਪੁਲਿਸ ਲਾਈਨਾਂ ਦੇ ਪਿੱਛੇ, ਡੋਗਰ ਬਸਤੀ, ਫਰੀਦਕੋਟ, 3. ਸ਼੍ਰੀ ਲਾਲ ਬਹਾਦਰ ਪੁੱਤਰ ਸ਼੍ਰੀ ਸਾਲਿਗ ਰਾਮ (ਜ਼ਾਮਨ) ਵਾਸੀ ਕੁਆਰਟਰ ਨੰਬਰ 8, ਪੁਲਿਸ ਲਾਈਸ ਫਰੀਦਕੋਟ। | ਵਿਕਰੀ ਡੀਡ ਨੰਬਰ 591 ਮਿਤੀ 13/05/2016 ਦੁਆਰਾ ਸ਼੍ਰੀਮਤੀ ਕਰਮਜੀਤ ਕੌਰ ਪਤਨੀ ਸ਼੍ਰੀ ਇਕਬਾਲ ਸਿੰਘ ਗਲੀ ਨੰ. 23 (ਆਰ), ਡੋਗਰ ਬਸਤੀ, ਫਰੀਦਕੋਟ ਦੇ ਨਾਮ 'ਤੇ ਦਰਜ 17 ਕਨਾਲ-11 ਮਰਲੇ (125/10618 ਹਿੱਸੇ) ਵਿੱਚੋਂ 125 ਵਰਗ ਗਜ਼ ਦੀ ਅਚੱਲ ਜਾਇਦਾਦ ਵਾਲੇ ਘਰ ਖਸਰਾ ਨੰਬਰ 7159/17-11, ਖੇਵਟ ਨੰਬਰ 532, ਸਾਲ 2009-10 ਦੀ ਜਮ੍ਹਾਂਬੰਦੀ ਅਨੁਸਾਰ ਗਲੀ ਨੰਬਰ 12, ਡੋਗਰ ਬਸਤੀ, ਫਰੀਦਕੋਟ (ਪੰਜਾਬ) ਵਿਖੇ ਸਥਿਤ ਅਚੱਲ ਸੰਪੱਤੀ ਦੇ ਭਾਗ ਅਤੇ ਹਿੱਸੇ। ਪੂਰਬ ਵੱਲ: ਬਿਮਲਾ ਰਾਣੀ, ਬਹੀ 53 ਫੁੱਟ 6 ਇੰਚ, ਪੱਛਮ ਵੱਲ: ਹਰਦੀਪ ਸਿੰਘ, ਬਹੀ 53 ਫੁੱਟ 6 ਇੰਚ, ਉੱਤਰ ਵੱਲ: ਗਲੀ 15 ਫੁੱਟ ਚੌੜੀ ਗਲੀ ਬਹੀ 21 ਫੁੱਟ, ਦੱਖਣ ਵੱਲ: ਜਤਿੰਦਰ ਸਿੰਘ ਬਹੀ 21 ਫੁੱਟ | 30.04.2025 | 14.05.2025 | Rs.18,75,507.25 14.05.2025 ਦੇ ਅਨੁਸਾਰ ਭਾਵੀ ਵਿਆਜ, ਅਚਨਚੇਤੀ ਖਰਚਿਆਂ, ਲਾਗਤਾਂ, ਫੀਸਾਂ ਆਦਿ ਸਮੇਤ |
| ਗੁਰੂਹਰਿਸਹਾਏ ਸ਼ਾਖਾ (01546) 1. ਸ੍ਰੀ ਜਨਕ ਰਾਜ ਗੱਖੜ ਪੁੱਤਰ ਲਾਭ ਰਾਮ (ਕਰਜ਼ਦਾਰ) ਮਾਡਲ ਟਾਊਨ, ਸ਼ਨੀ ਮੰਦਰ ਵਾਲੀ ਗਲੀ ਤੋਂ ਲਿੰਕ ਸਟਰੀਟ, ਸ਼ਨੀ ਮੰਦਰ ਨੇੜੇ, ਗੁਰੂਹਰਸਹਾਏ ਜ਼ਿਲ੍ਹਾ ਫਿਰੋਜ਼ਪੁਰ 2. ਸ੍ਰੀ ਸ਼ੇਖਰ ਗੱਖੜ ਪੁੱਤਰ ਜਨਕ ਰਾਜ ਗੱਖੜ (ਸਹਿ-ਕਰਜ਼ਦਾਰ) ਮਾਡਲ ਟਾਊਨ, ਸ਼ਨੀ ਮੰਦਿਰ ਤੋਂ ਲਿੰਕ ਸਟਰੀਟ, ਨੇੜੇ ਸ਼ਨੀ ਮੰਦਿਰ, ਗੁਰੂਹਰਸਹਾਏ ਜ਼ਿਲ੍ਹਾ ਫਿਰੋਜ਼ਪੁਰ | ਵਸੀਕਾ ਨੰਬਰ 1384 ਮਿਤੀ 14.09.2009 ਮੰਡੀ ਗੁਰੂਹਰਸਾਈ ਦਰਮਿਆਨੀ ਵਿਖੇ ਸ਼੍ਰੀ ਜਨਕ ਰਾਜ ਪੁੱਤਰ ਸ਼੍ਰੀ ਲਾਭਾ ਰਾਮ ਦੇ ਨਾਮ 'ਤੇ ਜਮ੍ਹਾਂਬੰਦੀ ਸਾਲ 2003-04 ਅਨੁਸਾਰ ਰਿਹਾਇਸ਼ੀ ਮਕਾਨ 6 ਮਰਲੇ 4.5 ਸਰਸਾਈ (31'-8.5" x 57') ਦੀ ਜ਼ਮੀਨ 'ਤੇ ਬਣਿਆ ਯਾਨੀ 8 ਕਨਾਲ ਦੇ 117/2880 ਹਿੱਸੇ ਵਿੱਚ ਮੁਰੱਬਾ ਨੰਬਰ 242, ਕਿਲ੍ਹਾ ਨੰਬਰ 23 (8-0), ਖੇਵਟ ਨੰਬਰ 43, ਖਤੌਨੀ ਨੰਬਰ 127 ਸਥਿਤ ਹੈ ਅਤੇ ਪੂਰਬ ਵੱਲ: ਰਾਮ ਵੱਲ: ਰਾਮ ਦਾਸ ਵੋਹਰਾ, ਪੱਛਮ: ਵਿਕਰੇਤਾ, ਉੱਤਰ: ਗਲੀ, ਦੱਖਣ: ਖਾਲੀ ਪਲਾਟ | 29.06.2024 | 14.05.2025 | Rs.3,63,371.41 14.05.2025 ਦੇ ਅਨੁਸਾਰ ਭਾਵੀ ਵਿਆਜ, ਅਚਨਚੇਤੀ ਖਰਚਿਆਂ, ਲਾਗਤਾਂ, ਫੀਸਾਂ ਆਦਿ ਸਮੇਤ |

ਸੂਚਨਾ ਦੀ ਵਿਕਲਪਿਕ ਤਾਮੀਲ ਲਈ ਕਦਮ ਚੁੱਕੇ ਜਾ ਰਹੇ ਹਨ। ਉਕਤ ਕਰਜ਼ਦਾਰ/ਜ਼ਾਮਨ ਨੂੰ ਇਸ ਦੁਆਰਾ ਸੱਦਾ ਦਿੱਤਾ ਜਾਂਦਾ ਹੈ ਕਿ ਇਸ ਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਦਾ ਭੁਗਤਾਨ ਕਰ ਦੇਣ, ਜਿਸ ਤੋਂ ਅਸਫਲ ਰਹਿਣ 'ਤੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13 ਦੀ ਉਪ ਧਾਰਾ (4) ਦੇ ਅਧੀਨ ਇਸ ਸੂਚਨਾ ਦੀ ਮਿਤੀ ਤੋਂ 60 ਦਿਨਾਂ ਦੇ ਲੰਘਣ ਉਪਰੰਤ ਅਗਲੇਰੇ ਕਦਮ ਚੁੱਕੇ ਜਾਣਗੇ।

ਮਿਤੀ: 25.05.2025 ਸਥਾਨ : ਫਿਰੋਜ਼ਪੁਰ ਅਧਿਕਾਰਤ ਅਧਿਕਾਰੀ

**ਸਟੇਟ ਬੈਂਕ ਆਫ ਇੰਡੀਆ**
ਹੋਮ ਲੋਨ ਸੈਂਟਰ, ਬੀਐਸਐਨਐਲ ਬਿਲਡਿੰਗ ਕੇਸੀ ਰੋਡ ਬਰਨਾਲਾ

**ਮੰਗ ਸੂਚਨਾ** — ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (ਇੱਥੇ ਬਾਅਦ ਵਿੱਚ "ਕਾਨੂੰਨ" ਵਜੋਂ ਸੱਦਿਆ ਗਿਆ) ਦੀ ਧਾਰਾ 13 (2) ਦੇ ਅਧੀਨ ਸੂਚਨਾ

ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨਲਿਖਤ ਕਰਜ਼ਦਾਰਾਂ (ਕਰਜ਼ਦਾਰ) (ਸਹਿ ਕਰਜ਼ਦਾਰ) ਨੇ ਬੈਂਕ ਤੋਂ ਉਨ੍ਹਾਂ ਨੂੰ ਪ੍ਰਾਪਤ ਕਰਜ਼ ਸਹੂਲਤ ਦੇ ਮੂਲ ਅਤੇ ਵਿਆਜ ਦੇ ਪੁਨਰ ਭੁਗਤਾਨ ਵਿਚ ਕੁਤਾਹੀ ਕੀਤੀ ਹੈ ਅਤੇ ਕਰਜ਼ੇ ਨੂੰ ਗੈਰ ਕਾਰਗੁਜ਼ਾਰੀ ਵਾਲੀਆਂ ਸੰਪੱਤੀਆਂ (ਐਨਪੀਏ) ਵਜੋਂ ਵਰਗੀਕ੍ਰਿਤ ਕੀਤਾ ਗਿਆ ਹੈ। ਪੰਜੀਕ੍ਰਿਤ/ਸਪੀਡ ਪੋਸਟ ਦੁਆਰਾ ਕਰਜ਼ਦਾਰ(ਾਂ)/ਜ਼ਾਮਨ(ਾਂ) ਨੂੰ ਉਨ੍ਹਾਂ ਦੇ ਨਿਮਨ ਲਿਖਤ ਪਤਿਆਂ 'ਤੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13 (2) ਦੇ ਅਧੀਨ ਉਨ੍ਹਾਂ ਦੇ ਆਖ਼ਰੀ ਜਾਣੂੰ ਪਤਿਆਂ 'ਤੇ ਸੂਚਨਾਵਾਂ ਭੇਜੀਆਂ ਗਈਆਂ ਸਨ, ਪਰ ਉਹ ਅਣ-ਤਾਮੀਲੀਆਂ ਪਰਤ ਆਈਆਂ ਅਤੇ ਇਸ ਲਈ ਉਨ੍ਹਾਂ ਨੂੰ ਇਸ ਦੁਆਰਾ ਜਨਤਕ ਸੂਚਨਾ ਦੇ ਮਾਧਿਅਮ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਖਾਤਾ ਕਰਜ਼ਦਾਰ (ਾਂ)/ਜ਼ਾਮਨ(ਾਂ) ਦੇ ਨਾਮ | ਚੱਲ/ਅਚੱਲ ਸੰਪੱਤੀਆਂ ਦੇ ਵੇਰਵੇ | ਐਨਪੀਏ ਦੀ ਮਿਤੀ | ਮੰਗ ਸੂਚਨਾ ਦੀ ਮਿਤੀ | ਬਕਾਇਆ ਦੇਣਦਾਰੀ |
|---|---|---|---|---|
| ਤਪਾ ਮੰਡੀ **ਸ੍ਰੀ ਲਕੇਸ਼ ਕੁਮਾਰ ਪੁੱਤਰ ਸ੍ਰੀ ਵੀਰ ਭਾਨ (ਕਰਜ਼ਦਾਰ)** ਵਾਰਡ ਨੰ: 7 ਸੁਖਾਨੰਦ ਬਸਤੀ ਤਪਾ ਮੰਡੀ ਜ਼ਿਲ੍ਹਾ ਬਰਨਾਲਾ (ਕਰਜ਼ਦਾਰ) **ਸ੍ਰੀ ਸੋਨੂੰ ਕੁਮਾਰ ਪੁੱਤਰ ਅੰਮ੍ਰਿਤ ਪਾਲ** ਵਾਸੀ ਵਾਰਡ ਨੰ: 7, ਸੁਖਾਨੰਦ ਬਸਤੀ, ਤਪਾ ਜ਼ਿਲ੍ਹਾ ਬਰਨਾਲਾ (ਜ਼ਾਮਨ) | ਰਿਹਾਇਸ਼ੀ ਮਕਾਨ ਯੂਨਿਟ ਨੰਬਰ ਬੀ04/03101, ਸੁਖਾਨੰਦ ਬਸਤੀ ਤਪਾ ਮੰਡੀ ਵਿਖੇ ਸਥਿਤ ਸ੍ਰੀ ਲਕੇਸ਼ ਕੁਮਾਰ ਪੁੱਤਰ ਸ੍ਰੀ ਵੀਰ ਭਾਨ ਦੇ ਨਾਮ 'ਤੇ 69 ਵਰਗ ਗਜ਼ ਦੇ ਪਲਾਟ 'ਤੇ ਬਣਾਇਆ, ਜਿਸਦਾ ਸਿਰਲੇਖ ਡੀਡ ਨੰਬਰ 1495 ਮਿਤੀ 30.11.2017 ਅਨੁਸਾਰ ਹੈ ਅਤੇ ਹੱਦਬੰਦੀ ਇਸ ਪ੍ਰਕਾਰ ਹੈ: - ਪੂਰਬ: 14' ਗਲੀ ਆਮ ਪੱਛਮ: 14' ਬਿਹਾਰੀ ਲਾਲ ਸ਼ਰਮਾ, ਉੱਤਰ: 44' 6" ਗੁਰਨਾਮ ਸਿੰਘ ਦੱਖਣ: 44' 6" ਮਹੰਤ ਨਾਹਰ ਸਿੰਘ | 06.01.2024 | 13.03.2025 | Rs. 9,96,344.07 13.03.2025 ਦੇ ਅਨੁਸਾਰ ਭਾਵੀ ਵਿਆਜ, ਅਚਨਚੇਤੀ ਖਰਚਿਆਂ, ਲਾਗਤਾਂ, ਫੀਸਾਂ ਆਦਿ ਸਮੇਤ |

(ਨੋਟ : **ਇਹ ਸੂਚਨਾ ਸਰਫਾਇਸੀ ਐਕਟ** 2002 **ਦੇ ਅਧੀਨ ਧਾਰਾ** 13 (2) **ਅਧੀਨ** 16.01.2024 **ਨੂੰ ਜਾਰੀ ਪਿਛਲੀ ਮੰਗ ਸੂਚਨਾ ਅਤੇ ਸਰਫਾਇਸੀ ਐਕਟ** 2002 **ਦੀ ਧਾਰਾ** 13 (4) **ਅਧੀਨ** 27.03.2024 **ਨੂੰ ਜਾਰੀ ਕਬਜ਼ਾ ਸੂਚਨਾ ਦੀ ਥਾਂ 'ਤੇ ਜਾਰੀ ਕੀਤੀ ਗਈ ਹੈ**।)

ਸੂਚਨਾ ਦੀ ਵਿਕਲਪਿਕ ਤਾਮੀਲ ਲਈ ਕਦਮ ਚੁੱਕੇ ਜਾ ਰਹੇ ਹਨ। ਉਕਤ ਕਰਜ਼ਦਾਰ(ਾਂ) ਨੂੰ ਇਸ ਦੁਆਰਾ ਸੱਦਾ ਦਿੱਤਾ ਜਾਂਦਾ ਹੈ ਕਿ ਇਸ ਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਦਾ ਭੁਗਤਾਨ ਕਰ ਦੇਣ, ਜਿਸ ਤੋਂ ਅਸਫਲ ਰਹਿਣ 'ਤੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13 ਦੀ ਉਪ ਧਾਰਾ (4) ਦੇ ਅਧੀਨ ਇਸ ਸੂਚਨਾ ਦੀ ਮਿਤੀ ਤੋਂ 60 ਦਿਨਾਂ ਦੇ ਲੰਘਣ ਉਪਰੰਤ ਅਗਲੇਰੇ ਕਦਮ ਚੁੱਕੇ ਜਾਣਗੇ।

ਮਿਤੀ: 25.05.2025 ਸਥਾਨ : ਬਰਨਾਲਾ ਅਧਿਕਾਰਤ ਅਧਿਕਾਰੀ

**ਸਟੇਟ ਬੈਂਕ ਆਫ ਇੰਡੀਆ**
ਹੋਮ ਲੋਨ ਸੈਂਟਰ ਬੀਐਸਐਨਐਲ ਬਿਲਡਿੰਗ, ਕੇਸੀ ਰੋਡ, ਬਰਨਾਲਾ

**ਕਬਜ਼ਾ ਸੂਚਨਾ** — [ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8(1) ਦੇ ਅਧੀਨ]

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਸਟੇਟ ਬੈਂਕ ਆਫ ਇੰਡੀਆ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ ਐਕਟ ਨੰ. 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਦੇ ਲਈ ਕਰਜ਼ਦਾਰ(ਾਂ)/ਜ਼ਾਮਨ (ਾਂ) ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਕਰਜ਼ਦਾਰ(ਾਂ)/ਜ਼ਾਮਨ (ਾਂ) **ਨੂੰ ਮੰਗ ਸੂਚਨਾ** ਜਾਰੀ ਕੀਤੀ ਸੀ। ਕਰਜ਼ਦਾਰ(ਾਂ)/ਜ਼ਾਮਨ (ਾਂ) ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ(ਾਂ)/ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਨਿਮਨ ਖਾਤਿਆਂ ਅਧੀਨ ਦਰਸਾਈ ਮਿਤੀ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 ਦੀ ਉਪ ਧਾਰਾ (4) ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈਆਂ ਸੰਪੱਤੀਆਂ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।
ਕਰਜ਼ਦਾਰ(ਾਂ)/ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਸੰਪੱਤੀਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀਆਂ ਦੀ ਕੋਈ ਵੀ ਸੌਦੇਬਾਜ਼ੀ ਵਸੂਲ ਹੋਈ ਰਕਮ, ਜੇਕਰ ਕੋਈ ਹੈ, ਮਨਫੀ ਕਰਕੇ ਹੋਰ ਫੀਸਾਂ/ਖਰਚਿਆਂ, ਲਾਗਤਾਂ ਸਮੇਤ ਰਕਮ ਦੇ ਲਈ **ਸਟੇਟ ਬੈਂਕ ਆਫ ਇੰਡੀਆ, ਹੋਮ ਲੋਨ ਸੈਂਟਰ ਬਰਨਾਲਾ** ਦੇ ਚਾਰਜ ਨਾਲ ਸਬੰਧਤ ਹੋਵੇਗੀ।
ਕਰਜ਼ਦਾਰ/ਜ਼ਾਮਨਾਂ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀ ਵਿਵਸਥਾ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ(ਾਂ)/ਜ਼ਾਮਨ(ਾਂ) ਦਾ ਨਾਮ | ਚੱਲ/ਅਚੱਲ ਸੰਪੱਤੀਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਸੰਕੇਤਕ ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| **ਸ੍ਰੀ ਬਲਵੀਰ ਸਿੰਘ ਸਪੁੱਤਰ ਸ੍ਰੀ ਬਲਜੀਤ ਸਿੰਘ ਅਤੇ ਸ੍ਰੀਮਤੀ ਸੁਖਪਾਲ ਕੌਰ ਪਤਨੀ ਸ੍ਰੀ ਬਲਜੀਤ ਸਿੰਘ** ਦੋਵੇਂ ਵਾਸੀ ਬਾਸੀਆਂ ਵਾਲੀ ਗਲੀ, ਵਾਰਡ ਨੰ. 8, ਤਪਾ ਮੰਡੀ, ਜ਼ਿਲ੍ਹਾ ਬਰਨਾਲਾ (ਕਰਜ਼ਦਾਰਾਂ) | ਤਾਤੀਮਾ ਡੀਡ ਨੰਬਰ 2021-22/88/1/58 ਮਿਤੀ 12.04.2021 ਅਨੁਸਾਰ, ਸ਼੍ਰੀਮਤੀ ਸੁਖਪਾਲ ਕੌਰ ਪਤਨੀ ਸ਼੍ਰੀ ਬਲਜੀਤ ਸਿੰਘ ਦੇ ਨਾਮ 'ਤੇ 6-1/3 ਮਰਲੇ (25'X68') ਦੇ ਪਲਾਟ 'ਤੇ ਬਣਾਇਆ ਗਿਆ ਰਿਹਾਇਸ਼ੀ ਘਰ, ਯਾਨੀ 17 ਕਨਾਲ ਖਾਤਾ ਨੰਬਰ 31/35-35/1 ਖਸਰਾ ਨੰਬਰ 101//8/3/3-16, 12/8-0, 13/1/4-4, 2//2/1-0 ਦਾ 19/1020 ਹਿੱਸਾ ਜਾਇਦਾਦ ਨੰਬਰ ਬੀ02/00059, ਟਾਈਟਲ ਡੀਡ ਨੰਬਰ 1574 ਮਿਤੀ 24.09.2014 ਅਤੇ ਪੂਰਬ: 25' ਗੋਰਾ ਸਿੰਘ, ਪੱਛਮ: 25' ਗਲੀ, ਉੱਤਰ: 67' ਖਾਲੀ ਪਲਾਟ, ਦੱਖਣ: 67' ਸਾਧੂ ਸਿੰਘ | 13.03.2025 | 22.05.2025 | Rs.9,29,734.41 13.03.2025 ਦੇ ਅਨੁਸਾਰ, ਮਨਫੀ ਵਸੂਲ ਹੋਈ ਰਕਮ, ਜੇਕਰ ਕੋਈ ਹੈ, ਜਮ੍ਹਾਂ ਉਸ 'ਤੇ ਵਿਆਜ ਅਤੇ ਹੋਰ ਫੀਸਾਂ/ ਖਰਚੇ, ਲਾਗਤਾਂ। |
| **ਸ੍ਰੀ ਦਵਾਰਕਾ ਦਾਸ ਸਪੁੱਤਰ ਸ੍ਰੀ ਨੋਹਰ ਚੰਦ** ਵਾਸੀ ਮਕਾਨ ਨੰ. ਬੀ-ਐਕਸਆਈ/2929, ਗਲੀ ਨੰ. 1, ਨਾਮਦੇਵ ਨਗਰ, ਬਜ਼ਕਖਾਨਾ ਰੋਡ, ਬਰਨਾਲਾ (ਕਰਜ਼ਦਾਰ) | ਟਾਈਟਲ ਡੀਡ ਨੰਬਰ 4467 ਮਿਤੀ 06.03.1998 ਅਨੁਸਾਰ ਸ਼੍ਰੀ ਦਵਾਰਕਾ ਦਾਸ ਪੁੱਤਰ ਸ਼੍ਰੀ ਨੌਹਰ ਚੰਦ ਦੇ ਨਾਮ 'ਤੇ ਰਿਹਾਇਸ਼ੀ ਮਕਾਨ ਖਸਰਾ ਨੰਬਰ 333//24/3/4-0 ਰਕਬਾ ਬਰਨਾਲਾ ਵਿੱਚ 6.50 ਮਰਲੇ ਦੇ ਪਲਾਟ ਯਾਨੀ 13/160 ਹਿੱਸੇ 'ਤੇ ਬਣਾਇਆ ਗਿਆ ਹੈ ਅਤੇ ਹੱਦਬੰਦੀ : ਪੂਰਬ: 64' ਬਿਮਲਾ ਦੇਵੀ, ਪੱਛਮ: 57' ਜਗਦੇਵ ਸਿੰਘ, ਉੱਤਰ: 30' ਗਲੀ, ਦੱਖਣ: 30' ਗਲੀ | 03.05.2024 | 22.05.2025 | Rs.1,50,562.00 03.05.2024 ਦੇ ਅਨੁਸਾਰ, ਮਨਫੀ ਵਸੂਲ ਹੋਈ ਰਕਮ, ਜੇਕਰ ਕੋਈ ਹੈ, ਜਮ੍ਹਾਂ ਉਸ 'ਤੇ ਵਿਆਜ ਅਤੇ ਹੋਰ ਫੀਸਾਂ/ਖਰਚੇ, ਲਾਗਤਾਂ। |

ਮਿਤੀ : 25.05.2025 ਸਥਾਨ: ਬਰਨਾਲਾ ਅਧਿਕਾਰਤ ਅਧਿਕਾਰੀ

संस्कृति मंत्रालय
भारत सरकार

**ਸਭਿਆਚਾਰਕ ਸਰੋਤ ਅਤੇ ਸਿਖਲਾਈ ਕੇਂਦਰ**
(ਸੱਭਿਆਚਾਰ ਮੰਤਰਾਲਾ, ਭਾਰਤ ਸਰਕਾਰ ਦੇ ਅਧੀਨ)

**ਸੱਭਿਆਚਾਰਕ ਪ੍ਰਤਿਭਾ ਖੋਜ ਸਕਾਲਰਸ਼ਿਪ ਸਕੀਮ - 2025-26**

ਸੀਸੀਆਰਟੀ 10 ਤੋਂ 14 ਸਾਲ ਦੀ ਉਮਰ ਸਮੂਹ (ਕਟ ਆਫ ਯੋਗਤਾ ਮਿਤੀਆਂ ਦੇ ਅਨੁਸਾਰ) ਵਿੱਚ ਚੁਣੇ ਗਏ ਸ਼ਾਨਦਾਰ ਪ੍ਰਤਿਭਾਸ਼ਾਲੀ ਬੱਚਿਆਂ ਨੂੰ ਸਹੂਲਤਾਂ ਪ੍ਰਦਾਨ ਕਰਨ ਲਈ ਸੱਭਿਆਚਾਰਕ ਪ੍ਰਤਿਭਾ ਖੋਜ ਸਕਾਲਰਸ਼ਿਪ ਸਕੀਮ ਲਾਗੂ ਕਰ ਰਿਹਾ ਹੈ, ਜੋ ਮਾਨਤਾ ਪ੍ਰਾਪਤ ਸਕੂਲਾਂ ਵਿੱਚ ਪੜ੍ਹ ਰਹੇ ਹਨ ਜਾਂ ਰਵਾਇਤੀ ਪ੍ਰਦਰਸ਼ਨ ਕਲਾਵਾਂ ਦਾ ਅਭਿਆਸ ਕਰਨ ਵਾਲੇ ਪਰਿਵਾਰਾਂ ਨਾਲ ਸਬੰਧਤ ਹਨ ਜੋ ਵੱਖ-ਵੱਖ ਸੱਭਿਆਚਾਰਕ ਖੇਤਰਾਂ ਜਿਵੇਂ ਕਿ ਸੰਗੀਤ, ਨਾਚ, ਨਾਟਕ, ਪੇਂਟਿੰਗ, ਮੂਰਤੀ, ਸ਼ਿਲਪਕਾਰੀ ਅਤੇ ਸਾਹਿਤਕ ਕਲਾਵਾਂ ਵਿੱਚ ਵਿਸ਼ੇਸ਼ ਸਿਖਲਾਈ ਪ੍ਰਾਪਤ ਕਰਨ ਲਈ ਹਨ, ਦੁਰਲੱਭ ਕਲਾ ਰੂਪਾਂ 'ਤੇ ਵਿਸ਼ੇਸ਼ ਜ਼ੋਰ ਦਿੰਦੇ ਹਨ, ਜੋ ਕਿ ਅਲੋਪ ਹੋਣ ਦੀ ਪ੍ਰਕਿਰਿਆ ਵਿੱਚ ਹਨ। ਇਸ ਸਕੀਮ ਦੇ ਤਹਿਤ ਦਿੱਤਾ ਜਾਣ ਵਾਲਾ ਵਜ਼ੀਫ਼ਾ ਦੋ ਸਾਲਾਂ ਲਈ ਹੈ ਜੋ ਹਰ ਦੋ ਸਾਲਾਂ ਬਾਅਦ ਸਿੱਖਿਆ ਦੇ ਪਹਿਲੇ ਯੂਨੀਵਰਸਿਟੀ ਡਿਗਰੀ ਪੜਾਅ ਦੇ ਪੂਰਾ ਹੋਣ ਤੱਕ ਜਾਂ 20 ਸਾਲ ਦੀ ਉਮਰ ਤੱਕ, ਜੋ ਵੀ ਪਹਿਲਾਂ ਹੋਵੇ, ਨਵਿਆਉਣਯੋਗ ਹੈ, ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਦੀ ਤਸੱਲੀਬਖਸ਼ ਪ੍ਰਗਤੀ ਨੂੰ ਬਣਾਈ ਰੱਖਣ ਦੇ ਅਧੀਨ।
ਹੇਠਾਂ ਦਿੱਤੇ ਵੇਰਵਿਆਂ ਅਨੁਸਾਰ, ਹਰ ਸਾਲ 650 ਵਜ਼ੀਫ਼ੇ ਦਿੱਤੇ ਜਾਂਦੇ ਹਨ:

| | |
|---|---|
| ਜਰਨਲ ਸ਼੍ਰੇਣੀ ਅਤੇ ਹੋਰਨਾਂ ਦੇ ਲਈ 375 ਵਜ਼ੀਫ਼ੇ | ਰਵਾਇਤੀ ਕਲਾਕਾਰ ਪਰਿਵਾਰਾਂ ਦੇ ਲਈ 125 ਵਜ਼ੀਫ਼ੇ |
| ਕਬਾਇਲੀ ਸੱਭਿਆਚਾਰ/ਅਨੁਸੂਚਿਤ ਕਬੀਲਿਆਂ ਦੇ ਲਈ 100 ਵਜ਼ੀਫੇ | ਅਲੱਗ ਰੂਪ ਤੋਂ ਸਮਰੱਥ (ਦਿਵਿਆਂਗ) ਬੱਚਿਆਂ ਦੇ ਲਈ 20 ਵਜ਼ੀਫ |
| ਰਚਨਾਤਮਕ ਲੇਖਣੀ/ਸਾਹਿਤਕ ਕਲਾਵਾਂ ਦੇ ਲਈ 30 ਵਜ਼ੀਫੇ | |

ਸਕਾਲਰਸ਼ਿਪ ਦੀ ਕੀਮਤ 3600/- ਰੁਪਏ (ਤਿੰਨ ਹਜ਼ਾਰ ਛੇ ਸੌ ਰੁਪਏ) ਪ੍ਰਤੀ ਸਾਲ ਹੈ ਅਤੇ ਵਿਸ਼ੇਸ਼ ਸਿਖਲਾਈ ਲਈ ਅਦਾ ਕੀਤੀ ਗਈ ਅਸਲ ਟਿਊਸ਼ਨ ਫੀਸ ਵੀ ਪ੍ਰਤੀ ਸਾਲ 9000/- ਰੁਪਏ (ਨੌਂ ਹਜ਼ਾਰ ਰੁਪਏ) ਤੱਕ ਦੀ ਅਦਾਇਗੀ ਕੀਤੀ ਜਾਂਦੀ ਹੈ। ਜਿਨ੍ਹਾਂ ਬੱਚਿਆਂ ਦੀ ਜਨਮ ਮਿਤੀ 01.07.2011 ਅਤੇ 30.06.2015 (ਦੋਵੇਂ ਦਿਨ ਸ਼ਾਮਲ) ਦੇ ਵਿਚਕਾਰ ਹੈ, ਉਹ ਸਾਲ 2025-26 ਲਈ ਸਕਾਲਰਸ਼ਿਪ ਦੇ ਪੁਰਸਕਾਰ ਲਈ ਅਰਜ਼ੀ ਦੇਣ ਦੇ ਯੋਗ ਹਨ। ਅਰਜ਼ੀ ਅਤੇ ਹੋਰ ਵੇਰਵੇ CCRT ਵੈੱਬਸਾਈਟ - www.ccrtindia.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ ਜਾਂ ਹੇਠਾਂ ਦਿੱਤੇ ਕਿਸੇ ਵੀ ਪਤੇ ਤੋਂ ਨਿੱਜੀ ਤੌਰ 'ਤੇ/ਡਾਕ ਰਾਹੀਂ ਮੁਫ਼ਤ ਪ੍ਰਾਪਤ ਕੀਤੇ ਜਾ ਸਕਦੇ ਹਨ:

| | |
|---|---|
| ਸੱਭਿਆਚਾਰਕ ਸਰੋਤ ਅਤੇ ਸਿਖਲਾਈ ਕੇਂਦਰ, 15 ਏ, ਸੈਕਟਰ - 7, ਦਵਾਰਕਾ, ਨਵੀਂ ਦਿੱਲੀ - 110075, - ਫੋਨ ਨੰਬਰ: 011-25088638 ਈਮੇਲ: ddsch.ccrt@nic.in ਵੈੱਬਸਾਈਟ: www.ccrtindia.gov.in | ਸੀਸੀਆਰਟੀ ਖੇਤਰੀ ਕੇਂਦਰ, 1-118/ ਸੀਸੀਆਰਟੀ, ਸਰਵੇਖਣ ਨੰਬਰ 64, ਗੂਗਲ ਦਫ਼ਤਰ ਦੇ ਨੇੜੇ, ਮਾਧਾਪੁਰ, ਹੈਦਰਾਬਾਦ - 500084 ਫੋਨ ਨੰਬਰ: (040) 23117050 ਅਤੇ 23111910 ਈਮੇਲ: rchyd.ccrt@nic.in |
| ਸੀਸੀਆਰਟੀ ਖੇਤਰੀ ਕੇਂਦਰ, ਹਵਾਲਾ ਖੁਰਦ, ਬਡਗਾਓਂ, ਉਦੈਪੁਰ, ਰਾਜਸਥਾਨ-313001 ਫੋਨ ਨੰਬਰ: (0294) 2430764, 2430771 ਈਮੇਲ: rcud.ccrt@nic.in | ਸੀਸੀਆਰਟੀ ਖੇਤਰੀ ਕੇਂਦਰ, 58, ਜੂਰੀਪਰ, ਪੰਜਾਬਾੜੀ ਰੋਡ, ਗੁਹਾਟੀ, ਅਸਾਮ-781037 ਫੋਨ ਨੰਬਰ 0361-2330152, ਈਮੇਲ: rcgwt.ccrt@nic.in |
| ਸੀਸੀਆਰਟੀ ਖੇਤਰੀ ਕੇਂਦਰ ਪੁਰਾਣੀ ਕੁਲੈਕਟਰੇਟ ਇਮਾਰਤ, ਜ਼ਿਲ੍ਹਾ ਅਦਾਲਤ ਦੇ ਨੇੜੇ, ਦਮੋਹ, ਮੱਧ ਪ੍ਰਦੇਸ਼ - 470661 ਫੋਨ ਨੰਬਰ 07812299187 ਈਮੇਲ: rcdamoh-ccrt@gov.in | |

ਸੰਬੰਧਿਤ ਦਸਤਾਵੇਜ਼ਾਂ ਦੇ ਨਾਲ ਪੂਰੀ ਤਰ੍ਹਾਂ ਭਰਿਆ ਹੋਇਆ ਅਰਜ਼ੀ ਫਾਰਮ ਸੀਸੀਆਰਟੀ, ਨਵੀਂ ਦਿੱਲੀ-110075 'ਤੇ ਸੋਮਵਾਰ, 30 ਜੂਨ, 2025 ਨੂੰ ਜਾਂ ਇਸ ਤੋਂ ਪਹਿਲਾਂ ਪਹੁੰਚ ਜਾਣਾ ਚਾਹੀਦਾ ਹੈ। ਸੀਸੀਆਰਟੀ ਕਿਸੇ ਵੀ ਡਾਕ ਦੇਰੀ ਲਈ ਜ਼ਿੰਮੇਵਾਰ ਨਹੀਂ ਹੋਵੇਗਾ ਅਤੇ ਆਖਰੀ ਮਿਤੀ ਤੋਂ ਬਾਅਦ ਪ੍ਰਾਪਤ ਹੋਈਆਂ ਅਰਜ਼ੀਆਂ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। CBC 09127/12/0001/2526

# ਵੰਦੇ ਭਾਰਤ ਟਰੇਨ ਨਾਲੋਂ ਸਸਤੀਆਂ ਹੋਈਆਂ ਸ੍ਰੀਨਗਰ ਲਈ ਹਵਾਈ ਟਿਕਟਾਂ

☛ ਪਹਿਲਗਾਮ ਹਮਲੇ ਦੇ ਇੱਕ ਮਹੀਨੇ ਬਾਅਦ ਵੀ ਸੁੰਨਸਾਨ ਹੈ ਕਸ਼ਮੀਰ



ਸ੍ਰੀਨਗਰ, 24 ਮਈ (ਚ.ਨ.ਸ.): ਪਹਿਲਗਾਮ ਹਮਲੇ ਦੇ ਇੱਕ ਮਹੀਨੇ ਬਾਅਦ ਵੀ ਸੈਲਾਨੀ ਕਸ਼ਮੀਰ ਨਹੀਂ ਆ ਰਹੇ ਹਨ ਅਤੇ ਇਸ ਲਈ ਏਅਰਲਾਈਨ ਕੰਪਨੀਆਂ ਯਾਤਰੀਆਂ ਨੂੰ ਭਾਰੀ ਛੋਟ ਦੇ ਰਹੀਆਂ ਹਨ। ਹਵਾਈ ਯਾਤਰਾ ਦੀਆਂ ਟਿਕਟਾਂ ਦੀਆਂ ਕੀਮਤਾਂ ਜੋ ਕੁਝ ਸਮਾਂ ਪਹਿਲਾਂ ਤੱਕ ਅਸਮਾਨ ਨੂੰ ਛੂਹ ਰਹੀਆਂ ਸਨ, ਹੁਣ ਸਸਤੀਆਂ ਹੋ ਗਈਆਂ ਹਨ। ਵਰਤਮਾਨ ਵਿੱਚ ਦਿੱਲੀ ਤੋਂ ਸ੍ਰੀਨਗਰ ਲਈ ਇੱਕ ਪਾਸੇ ਦੀ ਹਵਾਈ ਟਿਕਟ 3,800 ਰੁਪਏ ਤੋਂ 4,500 ਰੁਪਏ ਦੇ ਵਿਚਕਾਰ ਉਪਲਬਧ ਹੈ ਅਤੇ ਮੁੰਬਈ ਤੋਂ ਸ੍ਰੀਨਗਰ ਦੀ ਉਡਾਣ ਜਿਸਦੀ ਕੀਮਤ ਪਹਿਲਾਂ 28,000 ਰੁਪਏ ਤੱਕ ਹੁੰਦੀ ਸੀ, ਹੁਣ ਸਿਰਫ਼ 5,000 ਰੁਪਏ ਤੋਂ ਘੱਟ ਵਿੱਚ ਉਪਲਬਧ ਹੈ। ਜੇਕਰ ਅਸੀਂ ਮੌਜੂਦਾ ਕੀਮਤਾਂ 'ਤੇ ਨਜ਼ਰ ਮਾਰੀਏ ਤਾਂ ਸ੍ਰੀ ਮਾਤਾ ਵੈਸ਼ਨੋ ਦੇਵੀ ਜਾਣ ਵਾਲੀ ਕਸ਼ਮੀਰ ਵੰਦੇ ਭਾਰਤ ਐਕਸਪ੍ਰੈਸ ਦੀ ਟਿਕਟ ਦੀ ਕੀਮਤ 2 ਤੋਂ 3 ਹਜ਼ਾਰ ਰੁਪਏ ਦੱਸੀ ਜਾਂਦੀ ਸੀ। ਇਸ ਤਰ੍ਹਾਂ ਇਸ ਸਮੇਂ ਦਿੱਲੀ ਤੋਂ ਸ੍ਰੀਨਗਰ ਜਾਣ ਲਈ ਉਡਾਣ ਇੱਕ ਚੰਗਾ ਆਪਸ਼ਨ ਹੋ ਸਕਦਾ ਹੈ। ਇਸ ਦੇ ਬਾਵਜੂਦ ਕਸ਼ਮੀਰ ਲਈ ਯਾਤਰੀ ਨਹੀਂ ਮਿਲ ਰਹੇ ਹਨ। ਹਵਾਈ ਕਿਰਾਏ ਵਿੱਚ ਇਹ ਗਿਰਾਵਟ 22 ਅਪ੍ਰੈਲ ਨੂੰ ਪਹਿਲਗਾਮ ਦੇ ਬੈਸਰਨ ਵਿੱਚ ਹੋਏ ਅੱਤਵਾਦੀ ਹਮਲੇ ਵਿੱਚ ਲੋਕਾਂ ਦੇ ਕਤਲੇਆਮ ਤੋਂ ਬਾਅਦ ਆਈ ਹੈ। ਇਸ ਹਮਲੇ ਤੋਂ ਬਾਅਦ ਕਸ਼ਮੀਰ ਆਉਣ ਵਾਲੇ ਸੈਲਾਨੀਆਂ ਦੀ ਗਿਣਤੀ ਵਿੱਚ ਕਾਫ਼ੀ ਕਮੀ ਆਈ ਹੈ। ਇਸ ਘਟਨਾ ਤੋਂ ਪਹਿਲਾਂ ਕਸ਼ਮੀਰ ਲਈ ਇੱਕ-ਪਾਸੜ ਹਵਾਈ ਕਿਰਾਏ ਆਪਣੇ ਸਿਖਰ 'ਤੇ ਸਨ। ਦਿੱਲੀ ਤੋਂ ਸ੍ਰੀਨਗਰ ਤੱਕ ਦੀ ਹਵਾਈ ਯਾਤਰਾ 15,000 ਰੁਪਏ ਤੋਂ ਵੱਧ ਖਰਚ ਆਉਂਦਾ ਸੀ। ਕਈ ਵਾਰ ਲੋਕਾਂ ਨੂੰ ਬੁਕਿੰਗ ਦੇ ਸਮੇਂ 'ਤੇ ਉਪਲਬਧਤਾ ਦੇ ਆਧਾਰ 'ਤੇ ਏਅਰਲਾਈਨਾਂ ਨੂੰ ਹੋਰ ਵੀ ਜ਼ਿਆਦਾ ਕਿਰਾਏ ਦੇਣੇ ਪੈਂਦੇ ਸਨ। ਇਸ ਸਬੰਧ ਵਿੱਚ ਜਦੋਂ ਪੱਤਰਕਾਰ ਨੇ ਕਸ਼ਮੀਰ ਸਬੰਧਤ ਯਾਤਰਾ ਕੰਪਨੀਆਂ ਨਾਲ ਗੱਲ ਕੀਤੀ ਤਾਂ ਉਨ੍ਹਾਂ ਮੰਨਿਆ ਕਿ ਹਵਾਈ ਕਿਰਾਏ ਵਿੱਚ ਭਾਰੀ ਕਮੀ ਕੀਤੀ ਗਈ ਹੈ।

# ਸ਼ਹੀਦ ਸਿੰਘਾਂ ਦੀ ਯਾਦ 'ਚ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ 'ਚ ਗੁਰਮਤਿ ਸਮਾਗਮ ਕਰਵਾਇਆ



ਅੰਮ੍ਰਿਤਸਰ, 24 ਮਈ (ਚ.ਨ.ਸ.): ਸੰਨ 1964 ਵਿੱਚ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਪ੍ਰਬੰਧ ਨੂੰ ਮਹੰਤਾਂ ਤੋਂ ਆਜ਼ਾਦ ਕਰਵਾਉਣ ਸਮੇਂ ਵਾਪਰੇ ਸਾਕੇ ਵਿੱਚ ਸ਼ਹੀਦ ਹੋਏ ਸਿੰਘਾਂ ਦੀ ਯਾਦ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿੱਚ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਭਾਈ ਜਗਦੀਪ ਸਿੰਘ ਦੇ ਜੱਥੇ ਨੇ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਤੇ ਸੰਗਤ ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਹੁਕਮਨਾਮਾ ਸਰਵਣ ਕਰਵਾਇਆ। ਜ਼ਿਕਰਯੋਗ ਹੈ ਕਿ ਸ੍ਰੀ ਪਾਉਂਟਾ ਸਾਹਿਬ ਦੇ ਸਾਕੇ ਦੌਰਾਨ ਨਿਹੰਗ ਜਥੇਬੰਦੀ ਮਿਸਲ ਸ਼ਹੀਦਾਂ ਤਰਨਾ ਦਲ ਦੇ 11 ਸਿੰਘ ਸ਼ਹੀਦ ਹੋਏ ਸਨ। ਇਸ ਸਾਕੇ ਦੇ ਗਵਾਹ ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ ਜਿਹਾ ਸ਼ਹੀਦ ਵੀ ਸ਼ਾਮਲ ਹੋਏ ਸਨ। ਇਸ ਮੌਕੇ ਬਾਬਾ ਮਹਾਂਬੀਰ ਸਿੰਘ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸੁਰਜੀਤ ਸਿੰਘ ਤੁਗਲਵਾਲ, ਪਰਮਜੀਤ ਸਿੰਘ ਖ਼ਾਲਸਾ, ਮੈਂਬਰ ਸੁਰਜੀਤ ਸਿੰਘ ਭਿੱਟੇਵੱਡ, ਮਨਜਿੰਦਰ ਸਿੰਘ ਖਾਪੜਖੇੜੀ, ਬਾਬਾ ਬੂਟਾ ਸਿੰਘ, ਅਮਰੀਕ ਸਿੰਘ ਕੋਟਸ਼ਮੀਰ, ਬਲਜੀਤ ਸਿੰਘ ਜਲਾਲਉਸਮਾਂ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਪ੍ਰਤਾਪ ਸਿੰਘ, ਗੁਰਿੰਦਰ ਸਿੰਘ ਮਥਰੇਵਾਲ, ਬਿਜੈ ਸਿੰਘ, ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਮੈਨੇਜਰ ਭਗਵੰਤ ਸਿੰਘ ਧੰਗੇੜਾ, ਜਸਵਿੰਦਰ ਸਿੰਘ ਜੱਸੀ, ਮਨਜੀਤ ਸਿੰਘ, ਬਲਵਿੰਦਰ ਸਿੰਘ ਭੈਰੋਵਾਲ, ਹਰਭਜਨ ਸਿੰਘ ਵਕਤਾ, ਨਿਸ਼ਾਨ ਸਿੰਘ, ਮਲਕੀਤ ਸਿੰਘ ਬਹਿੜਵਾਲ, ਨਰਿੰਦਰ ਸਿੰਘ, ਸਤਨਾਮ ਸਿੰਘ ਰਿਆੜ, ਬਿਕਰਮਜੀਤ ਸਿੰਘ ਝੰਗੀ, ਯੁਵਰਾਜ ਸਿੰਘ, ਗੁਰਿੰਦਰ ਸਿੰਘ ਤੇ ਹੋਰ ਹਾਜ਼ਰ ਸਨ।

# ਪਾਕਿਸਤਾਨ 'ਚ 100 ਸਾਲ ਪੁਰਾਣੇ ਸ਼ਿਵ ਮੰਦਰ ਦੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ

☛ ਹਿੰਦੂ ਭਾਈਚਾਰੇ ਦੇ ਪ੍ਰਤੀਨਿਧੀ ਨੇ ਕੀਤੀ ਪਾਕਿ ਸਰਕਾਰ ਤੋਂ ਵੱਡੀ ਮੰਗ




ਕਰਾਚੀ, 24 ਮਈ (ਚ.ਨ.ਸ.): ਪਾਕਿਸਤਾਨ ਦੇ ਸਿੰਧ ਸੂਬੇ ਦੇ ਟਾਂਡੋ ਜਾਮ ਕਸਬੇ ਦੇ ਨੇੜੇ ਇੱਕ 100 ਸਾਲ ਪੁਰਾਣਾ ਸ਼ਿਵ ਮੰਦਰ ਹੈ, ਜਿਸਦੀ ਜ਼ਮੀਨ 'ਤੇ ਕੁਝ ਲੋਕਾਂ ਨੇ ਨਾਜਾਇਜ਼ ਕਬਜ਼ਾ ਕਰ ਲਿਆ ਹੈ। ਹਿੰਦੂ ਭਾਈਚਾਰੇ ਦੇ ਇੱਕ ਪ੍ਰਤੀਨਿਧੀ ਨੇ ਪਾਕਿਸਤਾਨ ਸਰਕਾਰ ਨੂੰ ਗੈਰ-ਕਾਨੂੰਨੀ ਉਸਾਰੀ ਰੋਕਣ ਦੀ ਅਪੀਲ ਕੀਤੀ ਹੈ। ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਪੋਸਟ ਕਰਦੇ ਹੋਏ ਦਰਵਾਰ ਇਤਿਹਾਦ ਪਾਕਿਸਤਾਨ ਦੇ ਮੁਖੀ ਸ਼ਿਵਾ ਕਾਛੀ ਨੇ ਕਿਹਾ ਕਿ ਮੰਦਰ ਇੱਕ ਸਦੀ ਤੋਂ ਵੱਧ ਪੁਰਾਣਾ ਹੈ। ਕੁਝ ਲੋਕਾਂ ਨੇ ਮੰਦਰ ਦੇ ਆਲੇ ਦੁਆਲੇ ਦੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰ ਲਿਆ ਹੈ ਅਤੇ ਗੈਰ-ਕਾਨੂੰਨੀ ਨਿਰਮਾਣ ਸ਼ੁਰੂ ਕਰ ਦਿੱਤਾ ਹੈ ਅਤੇ ਮੰਦਰ ਨੂੰ ਜਾਣ ਵਾਲੀ ਸੜਕ ਨੂੰ ਵੀ ਰੋਕ ਦਿੱਤਾ ਹੈ। ਦਰਵਾਰ ਇਤਿਹਾਦ ਇੱਕ ਸੰਗਠਨ ਹੈ ਜੋ ਪਾਕਿਸਤਾਨ ਵਿੱਚ ਹਿੰਦੂ ਭਾਈਚਾਰੇ ਦੀ ਨੁਮਾਇੰਦਗੀ ਕਰਦਾ ਹੈ। ਆਪਣੀ ਵੀਡੀਓ ਵਿੱਚ ਕਾਛੀ ਨੇ ਕਿਹਾ ਕਿ ਕਰਾਚੀ ਤੋਂ ਲਗਭਗ 185 ਕਿਲੋਮੀਟਰ ਦੂਰ ਸ਼ਿਵ ਮੰਦਰ ਅਤੇ ਮੰਦਰ ਦੇ ਆਲੇ ਦੁਆਲੇ ਲਗਭਗ ਚਾਰ ਏਕੜ ਜ਼ਮੀਨ ਦਾ ਪ੍ਰਬੰਧਨ ਇੱਕ ਕਮੇਟੀ ਦੁਆਰਾ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਜ਼ਮੀਨ 'ਤੇ ਹੜੱਪਣ ਵਾਲਿਆਂ ਨੇ ਨਾਜਾਇਜ਼ ਕਬਜ਼ਾ ਕੀਤਾ ਹੋਇਆ ਹੈ। ਮੰਦਰ ਦੀ ਇਤਿਹਾਸਕ ਮਹੱਤਤਾ ਨੂੰ ਧਿਆਨ ਵਿੱਚ ਰੱਖਦੇ ਹੋਏ, ਸਿੰਧ ਵਿਰਾਸਤ ਵਿਭਾਗ ਦੀ ਇੱਕ ਟੀਮ ਨੇ ਪਿਛਲੇ ਸਾਲ ਇਸਦਾ ਨਵੀਨੀਕਰਨ ਕੀਤਾ। ਉਨ੍ਹਾਂ ਕਿਹਾ ਕਿ ਮੰਦਰ ਦੇ ਨੇੜੇ ਹਿੰਦੂਆਂ ਲਈ ਇੱਕ ਸ਼ਮਸ਼ਾਨਘਾਟ ਹੈ, ਜਿੱਥੇ ਇੱਕ ਸਾਲਾਨਾ ਧਾਰਮਿਕ ਸਮਾਰੋਹ ਆਯੋਜਿਤ ਕੀਤਾ ਜਾਂਦਾ ਹੈ। ਕਾਛੀ ਨੇ ਕਿਹਾ ਕਿ ਹਰ ਸੋਮਵਾਰ ਨੂੰ ਹਿੰਦੂ ਭਾਈਚਾਰੇ ਦੇ ਲੋਕ ਮੰਦਰ ਵਿੱਚ ਭਜਨ ਵੀ ਗਾਉਂਦੇ ਹਨ।

# ਨਸ਼ਾ ਮੁਕਤੀ ਯਾਤਰਾ ਨੂੰ ਮਿਲ ਰਿਹੈ ਲੋਕਾਂ ਤੋਂ ਵੱਡਾ ਹੁੰਗਾਰਾ: ਵਿਧਾਇਕ ਅਮਰਪਾਲ ਸਿੰਘ



ਸ੍ਰੀ ਹਰਗੋਬਿੰਦਪੁਰ ਸਾਹਿਬ, 24 ਮਈ (ਜਗੀਰ ਸਿੰਘ ਮੰਡ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਦੇ ਮਕਸਦ ਨਾਲ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਨੂੰ ਵੱਡੀ ਗਿਣਤੀ ਵਿਚ ਲੋਕਾਂ ਦਾ ਹੁੰਗਾਰਾ ਮਿਲ ਰਿਹਾ ਹੈ। ਇਹ ਪ੍ਰਗਟਾਵਾ ਵਿਧਾਇਕ ਅਮਰਪਾਲ ਸਿੰਘ ਕਿਸ਼ਨਕੋਟ ਨੇ ਪਿੰਡ ਪੈਰੋਸ਼ਾਹ ਵਿੱਚ ਲੋਕਾਂ ਨੂੰ ਨਸ਼ਿਆਂ ਪ੍ਰਤੀ ਅਵਾਜ਼ ਉਠਾਉਣ ਤੇ ਨਸ਼ੇ ਦਾ ਸੇਵਨ ਨਾ ਕਰਨ ਸਬੰਧੀ ਸਹੁੰ ਚੁਕਾਉਣ ਉਪਰੰਤ ਕੀਤਾ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਜੇਕਰ ਸਾਰੇ ਲੋਕ ਮਿਲ ਕੇ ਨਸ਼ਿਆਂ ਦਾ ਵਿਰੋਧ ਕਰਨ ਤਾਂ ਉਹ ਦਿਨ ਦੂਰ ਨਹੀਂ ਜਦੋਂ ਸੂਬਾ ਪੂਰੀ ਤਰ੍ਹਾਂ ਨਸ਼ੇ ਤੋਂ ਮੁਕਤ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਪ੍ਰਕਾਰ ਨਾਲ ਨਸ਼ੇ ਖਤਮ ਕਰਨ ਲਈ ਜੁੱਟੀ ਹੋਈ ਹੈ ਤੇ ਇਹ ਮੁਕੰਮਲ ਤੌਰ 'ਤੇ ਤਾਂ ਹੀ ਖਤਮ ਹੋ ਸਕਦਾ ਹੈ ਜੇਕਰ ਲੋਕ ਇਸ ਵਿੱਚ ਵੱਧ ਚੜ੍ਹ ਕੇ ਆਪਣਾ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾਵਾਂ ਦਾ ਮੰਤਵ ਨੌਜਵਾਨਾਂ ਦੀ ਜਵਾਨੀ ਨੂੰ ਬਚਾਅ ਕੇ ਉਨ੍ਹਾਂ ਨੂੰ ਨਸ਼ਿਆਂ ਤੋਂ ਮੁਕਤ ਕਰਵਾਉਣਾ ਹੈ। ਇਸ ਮੌਕੇ ਪਿੰਡਾਂ ਦੇ ਪੰਚ, ਸਰਪੰਚ, ਕਮੇਟੀ ਮੈਂਬਰਾਂ ਸਮੇਤ ਪੀ.ਏ. ਰਾਜੂ ਭਿੰਡਰ, ਪੀ.ਏ. ਸੁਖਦੇਵ ਸਿੰਘ ਰੋਮੀ ਤੇ ਸਲਾਹਕਾਰ ਪਰਮਬੀਰ ਸਿੰਘ ਰਾਣਾ ਆਦਿ ਹਾਜ਼ਰ ਸਨ।

# ਹਵਾਈ ਅੱਡਿਆਂ 'ਤੇ ਫੋਟੋਆਂ ਤੇ ਵੀਡੀਓ ਲੈਣ 'ਤੇ ਪਾਬੰਦੀ, ਡੀਜੀਸੀਏ ਨੇ ਜਾਰੀ ਕੀਤੇ ਸਖ਼ਤ ਨਿਰਦੇਸ਼



ਨਵੀਂ ਦਿੱਲੀ, 24 ਮਈ (ਚ.ਨ.ਸ.): ਡਾਇਰੈਕਟੋਰੇਟ ਜਨਰਲ ਆਫ ਸਿਵਲ ਏਵੀਏਸ਼ਨ (ਡੀਜੀਸੀਏ) ਨੇ ਦੇਸ਼ ਵਿੱਚ ਹਵਾਈ ਯਾਤਰਾ ਨੂੰ ਲੈ ਕੇ ਇੱਕ ਵੱਡਾ ਅਤੇ ਸਖ਼ਤ ਫੈਸਲਾ ਲਿਆ ਹੈ। ਡੀਜੀਸੀਏ ਵੱਲੋਂ ਜਾਰੀ ਕੀਤੇ ਗਏ ਇਹ ਨਿਰਦੇਸ਼ ਫੌਜੀ ਹਵਾਈ ਅੱਡਿਆਂ ਤੋਂ ਉਡਾਣ ਭਰਨ ਜਾਂ ਉਤਰਨ ਵਾਲੇ ਜਹਾਜ਼ਾਂ 'ਤੇ ਲਾਗੂ ਹੋਣਗੇ। ਡੀਜੀਸੀਏ ਨੇ ਇਸ ਨਿਰਦੇਸ਼ ਨੂੰ ਭਾਰਤ ਦੀ ਪੱਛਮੀ ਸਰਹੱਦ ਦੇ ਨੇੜੇ ਸਥਿਤ ਸੰਵੇਦਨਸ਼ੀਲ ਏਅਰਬੇਸਾਂ ਜਿਵੇਂ ਕਿ ਅੰਮ੍ਰਿਤਸਰ, ਜੰਮੂ, ਸ੍ਰੀਨਗਰ ਤੇ ਜੈਸਲਮੇਰ ਹਵਾਈ ਅੱਡਿਆਂ 'ਤੇ ਸਖ਼ਤੀ ਨਾਲ ਲਾਗੂ ਕੀਤਾ ਜਾਵੇਗਾ। ਹਦਾਇਤਾਂ ਵਿੱਚ ਕਿਹਾ ਗਿਆ ਹੈ ਕਿ ਯਾਤਰੀਆਂ ਨੂੰ ਇਨ੍ਹਾਂ ਖੇਤਰਾਂ ਤੋਂ ਉਡਾਣ ਭਰਦੇ ਜਾਂ ਉਤਰਦੇ ਸਮੇਂ ਖਿੜਕੀਆਂ ਦੇ ਪਰਦੇ ਹੇਠਾਂ ਰੱਖਣੇ ਪੈਣਗੇ। ਡੀਜੀਸੀਏ ਨੇ ਕਿਹਾ ਕਿ ਇਹ ਨਿਯਮ ਉਦੋਂ ਤੱਕ ਲਾਗੂ ਰਹਿਣਗੇ ਜਦੋਂ ਤੱਕ ਜਹਾਜ਼ 10 ਹਜ਼ਾਰ ਫੁੱਟ ਦੀ ਉਚਾਈ 'ਤੇ ਨਹੀਂ ਪਹੁੰਚਦਾ ਜਾਂ ਜ਼ਮੀਨ 'ਤੇ ਨਹੀਂ ਰੁਕਦਾ। ਡੀਜੀਸੀਏ ਨੇ ਇਹ ਕਦਮ ਦੇਸ਼ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਚੁੱਕਿਆ ਹੈ। ਦਰਅਸਲ, ਪਿਛਲੇ ਕੁਝ ਸਾਲਾਂ ਵਿੱਚ ਇਹ ਦੇਖਿਆ ਗਿਆ ਹੈ ਕਿ ਯਾਤਰੀ ਇਨ੍ਹਾਂ ਸੰਵੇਦਨਸ਼ੀਲ ਹਵਾਈ ਅੱਡਿਆਂ 'ਤੇ ਉਡਾਣ ਭਰਦੇ ਸਮੇਂ ਜਾਂ ਉਤਰਦੇ ਸਮੇਂ ਖਿੜਕੀ ਦੇ ਬਾਹਰ ਫੋਟੋਆਂ ਜਾਂ ਵੀਡੀਓ ਲੈਂਦੇ ਹਨ ਤੇ ਫਿਰ ਉਨ੍ਹਾਂ ਨੂੰ ਸੋਸ਼ਲ ਮੀਡੀਆ 'ਤੇ ਪੋਸਟ ਕਰਦੇ ਹਨ। ਇਨ੍ਹਾਂ ਤਸਵੀਰਾਂ ਵਿੱਚ ਫੌਜ ਦੀਆਂ ਗਤੀਵਿਧੀਆਂ, ਏਅਰਬੇਸ ਦੀ ਬਣਤਰ ਤੇ ਹੋਰ ਸੰਵੇਦਨਸ਼ੀਲ ਹਿੱਸੇ ਵੀ ਦਿਖਾਈ ਦਿੰਦੇ ਹਨ, ਜਿਸ ਨਾਲ ਦੇਸ਼ ਦੀ ਸੁਰੱਖਿਆ ਨਾਲ ਸਬੰਧਤ ਜਾਣਕਾਰੀ ਲੀਕ ਹੋਣ ਦਾ ਖ਼ਤਰਾ ਵੱਧ ਜਾਂਦਾ ਹੈ। ਇਸ ਲਈ ਡੀਜੀਸੀਏ ਨੇ ਖਿੜਕੀਆਂ ਦੇ ਸ਼ੇਡ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ। ਡੀਜੀਸੀਏ ਨੇ ਆਪਣੇ ਨਿਰਦੇਸ਼ਾਂ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਯਾਤਰੀਆਂ ਨੂੰ ਫੌਜੀ ਹਵਾਈ ਅੱਡਿਆਂ 'ਤੇ ਫੋਟੋਆਂ ਜਾਂ ਵੀਡੀਓ ਲੈਣ ਦੀ ਇਜਾਜ਼ਤ ਨਹੀਂ ਹੋਵੇਗੀ। ਜੇਕਰ ਕੋਈ ਯਾਤਰੀ ਇਸ ਨਿਯਮ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। **ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਕੀ ਸਜ਼ਾ ਦਿੱਤੀ ਜਾਵੇਗੀ ?** : ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਸਿਵਲ ਏਵੀਏਸ਼ਨ ਨਿਯਮਾਂ ਦੇ ਤਹਿਤ ਜੁਰਮਾਨਾ ਜਾਂ ਹੋਰ ਸਜ਼ਾਵਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਏਅਰਲਾਈਨਾਂ ਨੂੰ ਕਿਹਾ ਗਿਆ ਹੈ ਕਿ ਉਹ ਉਡਾਣ ਤੋਂ ਪਹਿਲਾਂ ਤੇ ਦੌਰਾਨ ਯਾਤਰੀਆਂ ਨੂੰ ਇਸ ਮੁੱਦੇ ਬਾਰੇ ਸੂਚਿਤ ਕਰਨ। ਇਸ ਲਈ ਕੈਬਿਨ ਕਰੂ ਨੂੰ ਵੀ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ। ਏਅਰਲਾਈਨਾਂ ਨੂੰ ਬਦਲਾਅ ਕਰਨੇ ਪੈਣਗੇ।

# ਦਿਵਿਆਂਗ ਫ਼ੌਜੀਆਂ ਪ੍ਰਤੀ ਕੇਂਦਰ ਦੇ ਰਵੱਈਏ ਦੀ ਹਾਈ ਕੋਰਟ ਨੇ ਕੀਤੀ ਨਿਖੇਧੀ

☛ ਪੈਨਸ਼ਨ ਦੇ ਮਾਮਲਿਆਂ ਨੂੰ ਅਦਾਲਤਾਂ 'ਚ ਲਟਕਾਏ ਜਾਣਾ ਗਲਤ

ਚੰਡੀਗੜ੍ਹ, 24 ਮਈ (ਚ.ਨ.ਸ.): ਦਿਵਿਆਂਗ ਫ਼ੌਜੀਆਂ ਦੇ ਲਾਭਾਂ ਨੂੰ ਚੁਣੌਤੀ ਦੇਣ 'ਚ 'ਅਸੰਵੇਦਨਸ਼ੀਲਤਾ ਤੇ ਗੈਰ-ਅਨੁਪਾਲਨ ਦਾ ਰਵੱਈਆ' ਦਰਸਾਉਣ ਲਈ ਰੱਖਿਆ ਮੰਤਰਾਲੇ (ਐੱਮਓਡੀ) ਅਤੇ ਭਾਰਤੀ ਫੌਜ ਦੇ ਅਧਿਕਾਰੀਆਂ 'ਤੇ ਕਰੜੀ ਨਿਖੇਧੀ ਕਰਦਿਆਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਕਿਹਾ ਕਿ ਅਸੀਂ ਕੇਂਦਰ ਵੱਲੋਂ ਆਪਣੇ ਸਾਬਕਾ ਫ਼ੌਜੀਆਂ ਪ੍ਰਤੀ ਅਪਣਾਏ ਗਏ ਦ੍ਰਿਸ਼ਟੀਕੋਣ ਦੀ ਨਿਖੇਧੀ ਕਰਦੇ ਹਾਂ। ਜਸਟਿਸ ਸੰਜੀਵ ਪ੍ਰਕਾਸ਼ ਸ਼ਰਮਾ ਤੇ ਜਸਟਿਸ ਐੱਚਐੱਸ ਗਰੇਵਾਲ ਦੀ ਬੈਂਚ ਨੇ ਹਥਿਆਰਬੰਦ ਫੌਜ ਨਿਆਂਇਕ ਅਥਾਰਟੀ (ਏਐਫਟੀ) ਵੱਲੋਂ ਦਿਵਿਆਂਗ ਸਿਪਾਹੀ ਸਰਵਨ ਸਿੰਘ ਦੇ ਪੱਖ ਵਿੱਚ ਦਿੱਤੇ ਗਏ ਹੁਕਮ ਦੇ ਖ਼ਿਲਾਫ਼ ਰੱਖਿਆ ਮੰਤਰਾਲੇ ਤੇ ਭਾਰਤੀ ਫੌਜ ਵੱਲੋਂ ਦਾਖਲ ਮਾਮਲੇ ਦੀ ਸੁਣਵਾਈ ਕਰਦਿਆਂ ਇਹ ਟਿੱਪਣੀਆਂ ਕੀਤੀਆਂ। ਇਹ ਮਾਮਲਾ ਖਾਸ ਕਰਕੇ ਦਿਵਿਆਂਗ ਲਾਭ ਦੇ ਦਾਇਰੇ ਨਾਲ ਜੁੜਿਆ ਹੋਇਆ ਹੈ, ਜਿਸ 'ਚ ਸਰਕਾਰ ਨੇ ਮੈਡੀਕਲ ਸਬੰਧੀ ਦਿਵਿਆਂਗ ਪੈਨਸ਼ਨ ਦੇ ਤਿੰਨ ਸਲੈਬ ਮੁਹੱਈਆ ਕੀਤੇ ਸਨ, ਜਿਸ 'ਚ 50 ਫੀਸਦੀ ਤੋਂ ਘੱਟ, 50 ਫੀਸਦੀ ਤੋਂ 75 ਫੀਸਦੀ ਅਤੇ 76 ਤੋਂ 100 ਫੀਸਦੀ ਹਨ। ਹਾਲਾਂਕਿ, ਸਰਕਾਰ ਨੇ ਸ਼ੁਰੂ ਵਿੱਚ ਇਹ ਲਾਭ ਕੇਵਲ ਉਨ੍ਹਾਂ ਲੋਕਾਂ ਨੂੰ ਦਿੱਤਾ ਸੀ ਜੋ ਅਯੋਗ ਹੋ ਚੁੱਕੇ ਸਨ ਅਤੇ ਉਨ੍ਹਾਂ ਪੈਨਸ਼ਨ ਲੈਣ ਵਾਲਿਆਂ ਨੂੰ ਨਹੀਂ ਜੋ ਸੇਵਾਮੁਕਤ ਹੋ ਚੁੱਕੇ ਹਨ। ਲਾਭ ਸਿਰਫ਼ 1996 ਤੋਂ ਬਾਅਦ ਸੇਵਾਮੁਕਤੀ ਲੈਣ ਵਾਲਿਆਂ ਤੱਕ ਹੀ ਸੀ। ਤਿੰਨ ਜੱਜਾਂ ਦੇ ਬੈਂਚ ਵੱਲੋਂ ਦਿੱਤੇ ਗਏ ਫੈਸਲਿਆਂ ਦੀ ਲੜੀ 'ਚ ਸੁਪਰੀਮ ਕੋਰਟ ਨੇ ਮੰਨਿਆ ਸੀ ਕਿ ਦਿਵਿਆਂਗ ਪੈਨਸ਼ਨ ਲੈਣ ਵਾਲਿਆਂ ਨੂੰ ਇਸ ਤਰ੍ਹਾਂ ਦੇ ਲਾਭ ਮਿਲਣਗੇ, ਭਾਵੇਂ ਉਨ੍ਹਾਂ ਦੀ ਸੇਵਾਮੁਕਤੀ ਦੀ ਤਰੀਕ ਜਾਂ ਸੇਵਾ ਮੁਕਤੀ ਦਾ ਤਰੀਕਾ ਕਿਸੇ ਵੀ ਤਰ੍ਹਾਂ ਦਾ ਹੋਵੇ ਅਤੇ ਬਕਾਇਆ ਰਕਮ 'ਤੇ ਵੀ ਕੋਈ ਰੋਕ ਨਹੀਂ ਲਗਾਈ ਜਾ ਸਕਦੀ। ਇਹ 1 ਜਨਵਰੀ, 1996 ਤੋਂ ਭੁਗਤਾਨ ਯੋਗ ਹੋਵੇਗੀ। ਸੁਪਰੀਮ ਕੋਰਟ ਨੇ ਵਿਸ਼ੇਸ਼ ਤੌਰ 'ਤੇ ਹਾਈ ਕੋਰਟ ਅਤੇ ਹਥਿਆਰਬੰਦ ਸੀਮਾ ਫੀਸ ਅਥਾਰਿਟੀਆਂ ਨੂੰ 1996 ਤੋਂ ਲਾਭ ਜਾਰੀ ਕਰਨ ਦਾ ਨਿਰਦੇਸ਼ ਜਾਰੀ ਕੀਤਾ ਸੀ। ਦਿਵਿਆਂਗ ਪੈਨਸ਼ਨ ਦੇ ਵੱਖ-ਵੱਖ ਬਿੰਦੂਆਂ 'ਤੇ ਕਾਨੂੰਨ ਦੇ ਚੰਗੀ ਤਰ੍ਹਾਂ ਨਾਲ ਸਥਾਪਤ ਹੋਣ, ਸੁਪਰੀਮ ਕੋਰਟ ਤੇ ਕਈ ਹਾਈਕੋਰਟ ਵੱਲੋਂ ਝਾੜ ਪੈਣ ਦੇ ਬਾਵਜੂਦ, ਰੱਖਿਆ ਮੰਤਰਾਲੇ ਅਜਿਹੇ ਲਾਭਾਂ ਨੂੰ ਅਦਾਲਤਾਂ ਵਿਚ ਚੁਣੌਤੀ ਦੇਣਾ ਜਾਰੀ ਰੱਖ ਰਿਹਾ ਹੈ। ਰੱਖਿਆ ਮੰਤਰਾਲਾ ਪੈਨਸ਼ਨ, ਯੁੱਧ ਵਿਚ ਜ਼ਖਮੀ ਹੋਣ 'ਤੇ ਪੈਨਸ਼ਨ ਜਾਂ ਕਿਸੇ ਫੌਜੀ ਜਾਂ ਸੈਨਿਕ ਦੀ ਵਿਧਵਾ ਨੂੰ ਏਐਫਟੀ ਵੱਲੋਂ ਦਿੱਤੇ ਗਏ ਕਿਸੇ ਹੋਰ ਵਿੱਤੀ ਲਾਭ ਦੇ ਹੋਰ ਮਾਮਲਿਆਂ ਵਿਚ ਵੀ ਚੁਣੌਤੀ ਪਟੀਸ਼ਨਾਂ ਦਾਖਲ ਕਰ ਰਿਹਾ ਹੈ। ਅਜਿਹੇ ਹਰ ਹੁਕਮ ਨੂੰ ਚੁਣੌਤੀ ਦੇਣ ਦਾ ਫੈਸਲਾ 2023 ਵਿਚ ਲਿਆ ਗਿਆ ਸੀ, ਜਦੋਂ ਅਦਾਲਤੀ ਹੁਕਮਾਂ ਦੀ ਪਾਲਣਾ ਨਾ ਕਰਨ ਲਈ ਰੱਖਿਆ ਲੇਖਾ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਦੇ ਖ਼ਿਲਾਫ਼ ਕਾਰਵਾਈ ਕਰਨ ਦਾ ਨਿਰਦੇਸ਼ ਦਿੱਤਾ ਗਿਆ ਸੀ। ਦਿੱਲੀ ਹਾਈ ਕੋਰਟ ਹਾਲ ਹੀ ਵਿਚ ਰੱਖਿਆ ਮੰਤਰਾਲੇ ਵੱਲੋਂ ਸੈਨਿਕਾਂ ਦੇ ਖ਼ਲਾਫ਼ ਦਾਖਲ ਮਾਮਲਿਆਂ ਵਿਚ 15,000 ਰੁਪਏ ਤੋਂ 50,000 ਰੁਪਏ ਤੱਕ ਦਾ ਜੁਰਮਾਨਾ ਲਗਾਇਆ ਹੈ।

# 15-15 ਗ੍ਰਾਮ ਹੈਰੋਇਨ ਸਮੇਤ ਇੱਕ ਔਰਤ ਤੇ ਇੱਕ ਨੌਜਵਾਨ ਕਾਬੂ



ਘੁਮਾਣ/ਸ੍ਰੀ ਹਰਗੋਬਿੰਦਪੁਰ ਸਾਹਿਬ, 24 ਮਈ (ਡਾ.ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੁਲਿਸ ਥਾਣਾ ਘੁਮਾਣ ਨੂੰ ਉਸ ਵੇਲੇ ਵੱਡੀ ਸਫਲਤਾ ਪ੍ਰਾਪਤ ਹੋਈ, ਜਦੋਂ ਇੱਕ ਔਰਤ ਤੇ ਇੱਕ ਨੌਜਵਾਨ ਨੂੰ 15 ਗ੍ਰਾਮ, 15 ਗ੍ਰਾਮ ਹੈਰੋਇਨ ਸਮੇਤ ਕਾਬੂ ਕਰ ਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਘੁਮਾਣ ਦੇ ਮੁਖੀ ਐੱਸ.ਐੱਚ.ਓ. ਬਿਕਰਮ ਸਿੰਘ ਨੇ ਦੱਸਿਆ ਕਿ ਐੱਸ.ਐੱਸ.ਪੀ. ਬਟਾਲਾ ਸੁਹੇਲ ਕਾਸਿਮ ਮੀਰ ਆਈ.ਪੀ.ਐੱਸ. ਤੇ ਡੀ.ਐੱਸ.ਪੀ. ਹਰਗੋਬਿੰਦਪੁਰ ਸਾਹਿਬ ਰਾਜੇਸ਼ ਕੱਕੜ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਘੁਮਾਣ ਪੁਲਿਸ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਵਿੱਢੀ ਗਈ ਮੁਹਿੰਮ ਤਹਿਤ ਏ.ਐੱਸ.ਆਈ. ਸੁਖਰਾਜ ਸਿੰਘ, ਏ.ਐੱਸ.ਆਈ. ਪਾਲ ਸਿੰਘ ਪੁਲਿਸ ਪਾਰਟੀ ਸਮੇਤ ਥਾਣਾ ਘੁਮਾਣ ਤੋਂ ਵੱਖ-ਵੱਖ ਪਿੰਡਾਂ ਲਈ ਗਸ਼ਤ 'ਤੇ ਗਏ ਸਨ ਕਿ ਜਦੋਂ ਪੁਲਿਸ ਪਾਰਟੀ ਅਜੇ ਮਹਿਤਾ ਰੋਡ ਘੁਮਾਣ ਸੂਏ ਦੀ ਕੱਚੀ ਪਟੜੀ ਦੇ ਨਾਲ-ਨਾਲ ਜਾ ਰਹੇ ਸਨ ਤਾਂ ਇੱਕ ਚਿੱਟੇ ਰੰਗ ਦੀ ਮੋਪਡ ਨੰਬਰ ਪੀਬੀ 08 ਸੀਯੂ 9420 ਆ ਰਹੀ ਸੀ, ਜਿਸ ਨੂੰ ਇੱਕ ਆਦਮੀ ਚਲਾ ਰਿਹਾ ਸੀ ਤੇ ਇੱਕ ਔਰਤ ਉਸਦੇ ਪਿੱਛੇ ਬੈਠੀ ਹੋਈ ਸੀ, ਜੋ ਕਿ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਗਏ ਤੇ ਪਿੱਛੇ ਮੁੜਨ ਲੱਗਿਆ, ਨੂੰ ਪੁਲਿਸ ਵੱਲੋਂ ਕਾਬੂ ਕਰ ਲਿਆ ਗਿਆ। ਜਦਕਿ ਔਰਤ ਨੂੰ ਐੱਲ/ਸੀਟੀ ਸ਼ਰਨਜੀਤ ਕੌਰ ਦੀ ਮਦਦ ਨਾਲ ਕਾਬੂ ਕੀਤਾ ਗਿਆ। ਫੜੇ ਗਏ ਨੌਜਵਾਨ ਨੇ ਆਪਣਾ ਨਾਂ ਜਰਮਨਜੀਤ ਸਿੰਘ ਉਰਫ 'ਜਮਨੀ' ਪੁੱਤਰ ਸੁਖਦੇਵ ਸਿੰਘ ਵਾਸੀ ਖੱਬੇ ਰਾਜਪੂਤਾਂ ਥਾਣਾ ਮਹਿਤਾ ਦੱਸਿਆ, ਜਿਸ ਦੀ ਤਲਾਸ਼ੀ ਲੈਣ 'ਤੇ ਉਸ ਕੋਲੋਂ 15 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਜਦੋਂਕਿ ਫੜੀ ਗਈ ਔਰਤ ਨੇ ਆਪਣਾ ਨਾਂ ਰਾਜਵੰਤ ਕੌਰ ਉਰਫ ਰਾਜ ਪਤਨੀ ਕਰਮਜੀਤ ਸਿੰਘ ਵਾਸੀ ਪਿੰਡ ਮੰਡ ਦੱਸਿਆ, ਜਿਸ ਕੋਲ ਪਏ ਲਿਫਾਫੇ ਦੀ ਤਲਾਸ਼ੀ ਲੈਣ 'ਤੇ ਉਸ ਕੋਲੋਂ ਵੀ 15 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਉਨ੍ਹਾਂ ਦੱਸਿਆ ਕਿ ਉਕਤ ਦੋ ਜਣਿਆਂ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਇਨ੍ਹਾਂ ਦੋਵਾਂ ਨੂੰ ਮਾਨਯੋਗ ਕੋਰਟ ਵਿੱਚ ਪੇਸ਼ ਕਰਕੇ ਰਿਮਾਂਡ 'ਤੇ ਲਿਆ ਕੇ ਹੋਰ ਪੁੱਛਗਿੱਛ ਕੀਤੀ ਜਾਵੇਗੀ।

# ਕੌਮੀ ਲੋਕ ਅਦਾਲਤ 'ਚ 8867 ਕੇਸਾਂ ਦਾ ਮੌਕੇ 'ਤੇ ਨਿਪਟਾਰਾ

☛ 11 ਬੈਂਚਾਂ ਵੱਲੋਂ 8 ਕਰੋੜ 64 ਲੱਖ 16 ਹਜ਼ਾਰ 255 ਰੁਪਏ ਦੇ ਐਵਾਰਡ ਪਾਸ



ਸ਼ਹੀਦ ਭਗਤ ਸਿੰਘ ਨਗਰ, 24 ਮਈ (ਸੁਖਦੇਵ ਸਿੰਘ ਉੜਾਪੜ): ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਪ੍ਰਿਆ ਸੂਦ ਦੀ ਅਗਵਾਈ ਹੇਠ ਤੇ ਸੀ.ਜੇ.ਐੱਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਡਾ.ਅਮਨਦੀਪ ਦੀ ਦੇਖ-ਰੇਖ ਹੇਠ ਜ਼ਿਲ੍ਹਾ. ਕੋਰਟ ਕੰਪਲੈਕਸ, ਸ.ਭ.ਸ. ਨਗਰ ਤੇ ਸਬ-ਡਵੀਜ਼ਨ ਕੋਰਟ ਤਹਿਸੀਲ ਬਲਾਚੌਰ ਵਿਖੇ ਕੌਮੀ ਲੋਕ ਅਦਾਲਤ ਲਗਾਈ ਗਈ। ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪ੍ਰਿਆ ਸੂਦ ਵੱਲੋਂ ਕੌਮੀ ਲੋਕ ਅਦਾਲਤ ਦੇ ਸਾਰੇ ਬੈਂਚਾਂ ਦਾ ਜਾਇਜ਼ਾ ਲਿਆ ਗਿਆ। ਇਸ ਕੌਮੀ ਨੈਸ਼ਨਲ ਅਦਾਲਤ ਦੌਰਾਨ ਲਗਾਏ ਗਏ 11 ਬੈਂਚਾਂ ਵੱਲੋਂ ਵੱਖ-ਵੱਖ ਤਰ੍ਹਾਂ ਦੇ 9842 ਕੇਸਾਂ ਵਿੱਚੋਂ 8867 ਕੇਸਾਂ ਦਾ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਮੌਕੇ 'ਤੇ ਨਿਪਟਾਰਾ ਕਰਦਿਆਂ 08 ਕਰੋੜ 64 ਲੱਖ 16 ਹਜ਼ਾਰ 255 ਰੁਪਏ ਦੇ ਐਵਾਰਡ ਸੁਣਾਏ ਗਏ। ਇਹ ਜਾਣਕਾਰੀ ਦਿੰਦਿਆਂ ਹੋਇਆਂ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਪ੍ਰਿਆ ਸੂਦ ਨੇ ਦੱਸਿਆ ਕਿ ਇਸ ਕੌਮੀ ਨੈਸ਼ਨਲ ਅਦਾਲਤ ਦੌਰਾਨ ਵੱਖ-ਵੱਖ ਕੇਸਾਂ ਦੀ ਸੁਣਵਾਈ ਲਈ ਜ਼ਿਲ੍ਹਾ ਕੋਰਟ ਕੰਪਲੈਕਸ, ਸ਼ਹੀਦ ਭਗਤ ਸਿੰਘ ਨਗਰ ਪੱਧਰ 'ਤੇ 10 ਬੈਂਚ ਤੇ ਕੋਰਟ, ਸਬ-ਡਵੀਜ਼ਨ, ਬਲਾਚੌਰ ਵਿਖੇ 1 ਬੈਂਚ ਲਗਾਏ ਗਏ। ਇਸ ਕੌਮੀ ਨੈਸ਼ਨਲ ਅਦਾਲਤ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਪ੍ਰਿਆ ਸੂਦ, ਚੇਅਰਮੈਨ ਸਥਾਈ ਲੋਕ ਅਦਾਲਤ (ਜਨ-ਉਪਯੋਗੀ ਸੇਵਾਵਾਂ) ਅਸ਼ੋਕ ਕਪੂਰ, ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ-1 ਹਰੀਸ਼ ਆਨੰਦ, ਪ੍ਰਿੰਸੀਪਲ ਜੱਜ, ਫੈਮਿਲੀ ਕੋਰਟ, ਸ਼ਹੀਦ ਭਗਤ ਸਿੰਘ ਨਗਰ ਬਲਜਿੰਦਰ ਸਿੰਘ ਮਾਨ, ਸਿਵਲ ਜੱਜ (ਸੀਨੀਅਰ ਡਵੀਜ਼ਨ) ਮਿਸ ਪਰਵਿੰਦਰ ਕੌਰ, ਸੀ.ਜੇ.ਐੱਮ. ਮਹੇਸ਼ ਕੁਮਾਰ, ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ) ਮਿਸ ਕੋਂਪਲ ਧੰਜਲ, ਐੱਸ.ਡੀ.ਜੇ.ਐੱਮ. ਬਲਾਚੌਰ ਮਿਸ. ਲਵਜਿੰਦਰ ਕੌਰ, ਸਿਵਲ ਜੱਜ (ਜੂਨੀਅਰ ਡਵੀਜ਼ਨ) ਸਿਮਰਨ ਚਲਾਨਾ, ਸਿਵਲ ਜੱਜ (ਜੂਨੀਅਰ ਡਵੀਜ਼ਨ) ਤਰਨਦੀਪ ਕੌਰ, ਸਿਵਲ ਜੱਜ (ਜੂਨੀਅਰ ਡਵੀਜ਼ਨ) ਆਂਚਲ ਧੀਰ ਦੀਆਂ ਅਦਾਲਤਾਂ ਵੱਲੋਂ ਇਸ ਕੌਮੀ ਲੋਕ ਅਦਾਲਤ ਵਿੱਚ ਲੱਗੇ ਵੱਖ-ਵੱਖ ਤਰ੍ਹਾਂ ਦੇ ਕੇਸਾਂ ਦਾ ਦੋਵੇਂ ਧਿਰਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ।

# ਹਲਕਾ ਇੰਚਾਰਜ ਜੀਤ ਲਾਲ ਭੱਟੀ ਵੱਲੋਂ ਕਮੇਟੀ ਘਰ 'ਚ ਮੀਟਿੰਗ

ਭੋਗਪੁਰ, 24 ਮਈ (ਜੰਡੀਰ ਸੈਣੀ): ਆਮ ਆਦਮੀ ਪਾਰਟੀ ਹਲਕਾ ਆਦਮਪੁਰ ਦੇ ਇੰਚਾਰਜ ਜੀਤ ਲਾਲ ਭੱਟੀ ਜੋ ਕਿ ਪਨਬੱਸ ਪੰਜਾਬ ਦੇ ਡਾਇਰੈਕਟਰ ਵੀ ਹਨ ਤੇ ਉਨ੍ਹਾਂ ਦੇ ਨਾਲ ਮਾਰਕੀਟ ਮੰਡੀ ਬੋਰਡ ਦੇ ਚੇਅਰਮੈਨ ਬਰਕਤ ਰਾਮ ਭੋਗਪੁਰ ਵੱਲੋਂ ਅੱਜ ਭੋਗਪੁਰ ਦੇ ਕਮੇਟੀ ਘਰ ਵਿੱਚ ਮੀਟਿੰਗ ਕੀਤੀ ਗਈ। ਦਾਣਾ ਮੰਡੀ ਵਿੱਚ ਕਿਸਾਨਾਂ ਨਾਲ ਮੁਲਾਕਾਤ ਕੀਤੀ। ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ। ਚੇਅਰਮੈਨ ਬਰਕਤ ਰਾਮ ਨੇ ਕਿਸਾਨਾਂ ਨਾਲ ਗੱਲਬਾਤ ਕੀਤੀ ਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਖਤ ਹਦਾਇਤਾਂ ਹਨ ਕਿ ਦਾਣਾ ਮੰਡੀ ਵਿੱਚ ਮਜ਼ਦੂਰ ਤੇ ਕਿਸਾਨਾਂ ਲਈ ਖਾਸ ਪ੍ਰਬੰਧ ਕੀਤੇ ਗਏ ਹਨ। ਕਿਸੇ ਨੂੰ ਵੀ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ 'ਤੇ ਹਲਕਾ ਇੰਚਾਰਜ ਜੀਤ ਲਾਲ ਭੱਟੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਣਕ ਦੀ ਖਰੀਦ ਨੂੰ ਲੈ ਕੇ ਆਨਲਾਈਨ ਸਿਸਟਮ ਕਰ ਦਿੱਤਾ ਗਿਆ ਹੈ, ਕਿਸਾਨ ਕਾਰੋਬਾਰ ਦੀ ਕਾਰਵਾਈ ਆਨਲਾਈਨ ਕਰ ਸਕਦੇ ਹਨ। ਇਸ ਮੌਕੇ 'ਤੇ ਜੀਤ ਲਾਲ ਭੱਟੀ ਨੇ ਮੁੱਖ ਮੰਤਰੀ ਦੀ ਬੀਤੇ ਕੱਲ੍ਹ ਨੰਗਲ ਡੈਮ 'ਤੇ ਹੋਈ ਮੀਟਿੰਗ ਵਾਰੇ ਵੀ ਦੱਸਿਆ ਕਿ ਪੰਜਾਬ ਦਾ ਪਾਣੀ ਪੰਜਾਬ ਦੀ ਇਮਾਨਤ ਹੈ ਤੇ ਪੰਜਾਬ ਕੋਲ ਪਾਣੀ ਵਾਧੂ ਨਹੀਂ ਹੈ। ਮੁੱਖ ਮੰਤਰੀ ਵੱਲੋਂ ਵੱਡਾ ਫੈਸਲਾ ਲਿਆ ਗਿਆ ਹੈ ਕਿ ਪੰਜਾਬ ਦਾ ਪਾਣੀ ਬਾਹਰ ਨਹੀਂ ਦਿੱਤਾ ਜਾਵੇਗਾ। ਇਸ ਮੌਕੇ 'ਤੇ ਹਲਕਾ ਇੰਚਾਰਜ ਜੀਤ ਲਾਲ ਭੱਟੀ, ਚੇਅਰਮੈਨ ਬਰਕਤ ਰਾਮ, ਪਰਮਜੀਤ ਪੰਮਾ ਬਲਾਕ ਪ੍ਰਧਾਨ, ਬਲਵਿੰਦਰ ਭੰਡਾਰੀ ਬਲਾਕ ਪ੍ਰਧਾਨ, ਸਤਨਾਮ ਸਿੰਘ ਮਨਕੋਟੀਆ, ਮਦਨ ਸਿੰਘ ਬਲਾਕ ਪ੍ਰਧਾਨ, ਸੂਬੇਦਾਰ ਹੰਸ ਰਾਜ, ਅਜੇ ਕੁਮਾਰ ਬਲਾਕ ਪ੍ਰਧਾਨ, ਹਰਵੇਲ ਸਿੰਘ ਜੁਆਇੰਟ ਸੈਕਟਰੀ, ਗੁਰਦੀਪ ਸਿੰਘ ਦੀਪੂ ਐੱਮ.ਸੀ., ਸੁਖਦੇਵ ਰਾਜਾ ਐੱਮ.ਸੀ. ਆਦਿ ਹਾਜ਼ਰ ਸਨ।



# ਬੀ.ਐੱਮ.ਪੀ.ਐੱਸ. ਵਿਖੇ ਵਿਦਿਆਰਥੀ ਦੀਆਂ ਚੋਣਾਂ

☛ ਵਿਰਾਚੀ ਬਣੀ ਹੈੱਡ ਗਰਲ, ਅਰਸ਼ਦੀਪ ਸ਼ੇਰਗਿੱਲ ਬਣਿਆ ਹੈੱਡ ਬੁਆਏ




ਬੰਗਾ, 24 ਮਈ (ਪ੍ਰਭਜੋਤ ਸਿੰਘ): ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਭਗਵਾਨ ਮਹਾਂਵੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੰਗਾ ਵਿੱਚ ਹੈੱਡ ਬੁਆਏ, ਹੈੱਡ ਗਰਲ, ਵਾਈਸ ਹੈੱਡ ਬੁਆਏ, ਵਾਈਸ ਹੈੱਡ ਗਰਲ ਤੇ ਹਾਊਸ ਕੈਪਟਨ ਲਈ ਆਮ ਚੋਣਾਂ ਹੋਈਆਂ। ਜਿਸ ਵਿੱਚ 12 ਮਈ, 2025 ਨੂੰ ਚੋਣ ਨਤੀਜਿਆਂ ਦਾ ਐਲਾਨ ਕਰਦੇ ਹੋਏ, ਸਕੂਲ ਡਾਇਰੈਕਟਰ ਡਾ. ਵਰੁਣ ਜੈਨ ਨੇ ਕਿਹਾ ਕਿ ਇਹ ਚੋਣ ਸਿਰਫ਼ ਉਮੀਦਵਾਰਾਂ ਲਈ ਵੋਟ ਪਾਉਣ ਬਾਰੇ ਨਹੀਂ ਹੈ, ਸਗੋਂ ਇਸ ਦੇ ਨਾਲ ਵਿਦਿਆਰਥੀ ਵੋਟ ਪਾਉਣ ਤੇ ਸਹੀ ਉਮੀਦਵਾਰਾਂ ਦੀ ਚੋਣ ਕਰਨ ਦੀ ਮਹੱਤਤਾ ਵੀ ਸਿੱਖਦੇ ਹਨ। ਸਾਲ 2025-26 ਵਿੱਚ ਅਰਸ਼ਦੀਪ ਸਿੰਘ ਸ਼ੇਰਗਿੱਲ ਤੇ ਵਿਨਾਇਕ ਕਪੂਰ ਨੇ ਹੈੱਡ ਬੁਆਏ ਦੇ ਅਹੁਦੇ ਲਈ ਚੋਣ ਲੜੀ, ਜਿਸ ਵਿੱਚੋਂ ਅਰਸ਼ਦੀਪ ਸਿੰਘ ਸ਼ੇਰਗਿੱਲ ਨੇ ਵਿਨਾਇਕ ਕਪੂਰ ਨਾਲੋਂ ਵੱਧ ਵੋਟਾਂ ਪ੍ਰਾਪਤ ਕਰਕੇ ਵਿਨਾਇਕ ਕਪੂਰ ਨੂੰ ਵੱਡੇ ਫਰਕ ਨਾਲ ਹਰਾਇਆ। ਵਿਰਾਚੀ ਜੈਨ ਨੂੰ ਹੈੱਡ ਗਰਲ ਦੇ ਅਹੁਦੇ ਲਈ ਚੁਣਿਆ ਗਿਆ। ਇਸੇ ਤਰ੍ਹਾਂ ਵਾਈਸ ਹੈੱਡ ਗਰਲ ਦੇ ਅਹੁਦੇ ਲਈ 3 ਉਮੀਦਵਾਰਾਂ ਵਿੱਚੋਂ ਗੁਰਸਿਮਰਨ ਕੌਰ ਤੇ ਜੈਸਮੀਨ ਕੌਰ ਨੇ ਸਭ ਤੋਂ ਵੱਧ ਵੋਟਾਂ ਪ੍ਰਾਪਤ ਕੀਤੀਆਂ ਤੇ ਵਾਈਸ ਹੈੱਡ ਗਰਲ ਦਾ ਅਹੁਦਾ ਸੰਭਾਲਿਆ। ਇਸੇ ਤਰ੍ਹਾਂ ਵਾਈਸ ਹੈੱਡ ਬੁਆਏ ਦੇ ਅਹੁਦੇ ਲਈ ਬਹੁਤ ਹੀ ਦਿਲਚਸਪ ਤੇ ਸਖ਼ਤ ਮੁਕਾਬਲਾ ਹੋਇਆ, ਜਿਸ ਵਿੱਚ ਚਰਨਜੀਤ ਸਿੰਘ ਤੇ ਸੰਯਮ ਬੱਤਰਾ ਨੇ ਆਪਣੇ ਵਿਰੋਧੀਆਂ ਨੂੰ ਹਰਾ ਕੇ ਵਾਈਸ ਹੈੱਡ ਬੁਆਏ ਦੀ ਵਾਗਡੋਰ ਸੰਭਾਲੀ। ਇਸੇ ਤਰ੍ਹਾਂ ਸਮਰਿਧੀ ਹਾਊਸ ਵਿੱਚ ਅਰਸ਼ਿਤਾ ਕੰਡਾ ਆਪਣੇ ਦੋ ਵਿਰੋਧੀਆਂ ਨਾਲੋਂ ਸਭ ਤੋਂ ਵੱਧ ਵੋਟਾਂ ਪ੍ਰਾਪਤ ਕਰਕੇ ਹਾਊਸ ਦੀ ਕੈਪਟਨ ਬਣੀ।

# ਸਿੱਧੀ ਵਿਨਾਇਕ ਤੇ ਖ਼ਾਲਸਾ ਸਟੋਨ ਕਰੈਸ਼ਰ ਵੱਲੋਂ ਕੀਤੀ ਜਾ ਰਹੀ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਕੀਤਾ ਜਾਵੇਗਾ ਸੰਘਰਸ਼: ਕੰਢੀ ਸੰਘਰਸ਼ ਕਮੇਟੀ



ਬਲਾਚੌਰ, 24 ਮਈ (ਅਜਮੇਰ ਸਿੰਘ ਭਨੋਟ): ਅੱਜ ਪੋਜੇਵਾਲ ਦੇ ਨਜ਼ਦੀਕੀ ਪਿੰਡ ਰੋੜੀ ਵਿਖੇ ਇਲਾਕੇ ਦੇ ਵਿੱਚ ਹੋ ਰਹੀ ਗੈਰ-ਕਾਨੂੰਨੀ ਮਾਈਨਿੰਗ ਤੇ ਜੰਗਲਾਤ ਰਕਬੇ ਦੇ ਉਜਾੜੇ ਨੂੰ ਰੋਕਣ ਦੇ ਲਈ ਕਾਮਰੇਡ ਮਹਾ ਸਿੰਘ ਰੋੜੀ ਦੀ ਅਗਵਾਈ ਵਿੱਚ ਕੰਢੀ ਸੰਗਰਸ਼ ਕਮੇਟੀ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਿੱਧੀ ਵਿਨਾਇਕ ਤੇ ਖ਼ਾਲਸਾ ਸਟੋਨ ਕਰੈਸ਼ਰ ਵੱਲੋਂ ਇਲਾਕੇ ਵਿਚ ਵੱਡੇ ਪੱਧਰ 'ਤੇ ਗੈਰ-ਕਾਨੂੰਨੀ ਮਾਈਨਿੰਗ ਕਰਕੇ ਇਲਾਕੇ ਦੇ ਪਹਾੜ ਤੇ ਜੰਗਲ ਨੂੰ ਬਰਬਾਦ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਧੀ ਵਿਨਾਇਕ ਸਟੋਨ ਕਰੈਸ਼ਰ ਵੱਲੋਂ ਪਿੰਡ ਸ਼ਾਹਪੁਰ ਤੋਂ ਚਾਂਦਪੁਰ ਰੁੜਕੀ ਤੱਕ ਬਿਨਾਂ ਕਿਸੇ ਮਨਜ਼ੂਰੀ ਤੇ ਮਾਈਨਿੰਗ ਮਾਫ਼ੀਆ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਰਸਤਾ ਬਣਾਇਆ ਗਿਆ ਹੈ, ਜਿਸਦੇ ਕਾਰਨ ਜੰਗਲ ਦਾ ਉਜਾੜਾ ਕੀਤਾ ਜਾ ਰਿਹਾ ਹੈ ਤੇ ਖ਼ਾਲਸਾ ਸਟੋਨ ਕਰੈਸ਼ਰ ਵੱਲੋਂ ਕੰਢੀ ਕਨਾਲ ਨਹਿਰ ਦੇ ਨਾਲ ਗੈਰ-ਕਾਨੂੰਨੀ ਤਰੀਕੇ ਨਾਲ ਰਸਤਾ ਬਣਾਇਆ ਗਿਆ ਹੈ, ਜਿਸਦੇ ਕਾਰਨ ਕੰਢੀ ਕਨਾਲ ਨਹਿਰ ਨੂੰ ਵੱਡਾ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋਨਾਂ ਕਰੈਸ਼ਰਾਂ ਦੇ ਨਾਲ ਆਲੇ-ਦੁਆਲੇ ਪਿੰਡਾਂ ਦੇ ਵਿੱਚ ਵੱਡੇ-ਵੱਡੇ ਟੋਏ ਪਾ ਕੇ ਗੈਰ-ਕਾਨੂੰਨੀ ਮਾਈਨਿੰਗ ਕੀਤੀ ਜਾ ਰਹੀ ਹੈ। ਇਸ ਮੌਕੇ ਬੁਲਾਰਿਆਂ ਨੇ ਦੱਸਿਆ ਕਿ ਇਸ ਗੈਰ-ਕਾਨੂੰਨੀ ਮਾਈਨਿੰਗ ਨੂੰ ਨੱਥ ਪਾਉਣ ਦੇ ਲਈ ਉਹ ਵੱਖ-ਵੱਖ ਵਿਭਾਗਾਂ ਨੂੰ ਮੰਗ ਪੱਤਰ ਦਿੱਤੇ ਜਾਣਗੇ ਤੇ ਜੇਕਰ ਇਨ੍ਹਾਂ ਸਟੋਨ ਕਰੈਸ਼ਰਾਂ ਦੇ ਉਪਰ ਕੋਈ ਕਾਰਵਾਈ ਨਾ ਹੋਈ ਤਾਂ ਉਹ ਗੈਰ-ਕਾਨੂੰਨੀ ਮਾਈਨਿੰਗ ਤੇ ਜੰਗਲ ਦੇ ਉਜਾੜੇ ਤੋਂ ਬਚਾਉਣ ਲਈ ਪੱਕਾ ਮੋਰਚਾ ਲਗਾਉਣਗੇ, ਜਿਸਦੀ ਜ਼ਿੰਮੇਵਾਰੀ ਸਰਕਾਰ ਤੇ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਕਾਮਰੇਡ ਮਹਾ ਸਿੰਘ ਰੋੜੀ, ਤੀਰਥ ਰਾਮ ਸਰਪੰਚ ਹੁਸਨ ਲਾਲ ਬਰਮ ਕੁਮਾਰ, ਅੱਛਰ ਸਿੰਘ ਟੋਰੋਵਾਲ ਚੰਨਣ ਰਾਮ ਸਾਬਕਾ ਸਰਪੰਚ, ਜਸਵੰਤ ਸਿੰਘ ਫੌਜੀ ਮਾਸਟਰ ਮਹਿੰਦਰ ਪਾਲ, ਬੇਅੰਤ ਚੰਦ ਫੌਜੀ, ਦੇਵਰਾਜ ਬਾਠ, ਪਵਨ ਕੁਮਾਰ ਪਰਮਜੀਤ ਸਰਪੰਚ, ਨੀਲੂ ਬਾਠ, ਸੋਮੀ ਜੀਤ ਜੋਗੀ ਬਾਠ ਜਸਵੰਤ ਟੋਰੋਵਾਲ ਗੁਰਦੇਵ ਜਗਦੀਸ਼ ਆਦਿ ਹਾਜ਼ਰ ਸਨ।

# ਚੇਅਰਮੈਨ ਬਹਿਲ ਦੀ ਅਗਵਾਈ 'ਚ ਨਸ਼ਾ ਮੁਕਤੀ ਯਾਤਰਾ ਪਿੰਡ ਸ਼ੇਖੂਪੁਰ, ਜੌੜਾ ਛੱਤਰਾਂ ਤੇ ਅਮੀਪੁਰ ਵਿਖੇ ਪਹੁੰਚੀ



ਗੁਰਦਾਸਪੁਰ, 24 ਮਈ (ਜਗੀਰ ਸਿੰਘ ਮੰਡ): ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਚਲਾਏ ਜਾ ਰਹੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਬੀਤੀ ਸ਼ਾਮ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਅਧੀਨ ਆਉਂਦੇ ਪਿੰਡਾਂ ਸ਼ੇਖੂਪੁਰ, ਜੌੜਾ ਛੱਤਰਾਂ ਤੇ ਅਮੀਪੁਰ ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਜਾਗਰੂਕਤਾ ਸਭਾਵਾਂ ਕੀਤੀਆਂ ਗਈਆਂ, ਜਿਨ੍ਹਾਂ ਦੀ ਅਗਵਾਈ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਕੀਤੀ ਗਈ। ਇਸ ਮੌਕੇ ਪਿੰਡਾਂ ਵਿੱਚ ਹੋਈਆਂ ਜਨਤਕ ਸਭਾਵਾਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਣਾ ਤੇ ਉਨ੍ਹਾਂ ਨੂੰ ਸਿਹਤਮੰਦ, ਸਸ਼ਕਤ ਤੇ ਉਜਵੱਲ ਭਵਿੱਖ ਵੱਲ ਲਿਜਾਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖ਼ਿਲਾਫ਼ ਜੰਗ ਨੂੰ ਪੂਰੀ ਗੰਭੀਰਤਾ ਨਾਲ ਲੜ ਰਹੀ ਹੈ ਤੇ ਇਸਦੇ ਲਈ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਫੈਲਾਉਣਾ ਬਹੁਤ ਜ਼ਰੂਰੀ ਹੈ। ਚੇਅਰਮੈਨ ਸਰਮਨ ਬਹਿਲ ਨੇ ਕਿਹਾ ਕਿ ਸਰਕਾਰ ਵੱਲੋਂ ਸਿਹਤ ਵਿਭਾਗ, ਪੁਲਿਸ ਪ੍ਰਸ਼ਾਸਨ ਤੇ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਨਸ਼ਾ ਮੁਕਤੀ ਲਈ ਚਲਾਏ ਜਾ ਰਹੇ ਇਸ ਸਾਂਝੇ ਯਤਨ ਨੂੰ ਲੋਕਾਂ ਦਾ ਪੂਰਨ ਸਮਰਥਨ ਮਿਲ ਰਿਹਾ ਹੈ। ਨਸ਼ਾ ਮੁਕਤੀ ਯਾਤਰਾ ਆਉਂਦੇ ਦਿਨਾਂ ਵਿੱਚ ਹੋਰ ਪਿੰਡਾਂ ਤੇ ਗੁਰਦਾਸਪੁਰ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਵੀ ਕਰਵਾਈ ਜਾਵੇਗੀ ਤਾਂ ਜੋ ਪੂਰੇ ਖੇਤਰ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਿਆ ਜਾ ਸਕੇ। ਇਸ ਮੌਕੇ ਚੇਅਰਮੈਨ ਰਮਨ ਬਹਿਲ ਨੇ ਪਿੰਡ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਵਿੱਚ ਆਪਣਾ ਸਾਥ ਦੇਣ ਦੀ ਸਹੁੰ ਵੀ ਚੁਕਾਈ। ਇਸ ਮੌਕੇ ਉਨ੍ਹਾਂ ਨਾਲ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਹਲਕਾ ਕੋਆਰਡੀਨੇਟਰ ਨੀਰਜ ਸਲਹੋਤਰਾ ਤੋਂ ਇਲਾਵਾ ਪੰਚਾਇਤ ਵਿਭਾਗ ਤੇ ਸਿਹਤ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ।

# ਗੋਲਡਨ ਸੀਨੀ.ਸੈਕੰ. ਸਕੂਲ ਦੇ 12ਵੀਂ ਦੇ ਨਤੀਜੇ ਰਹੇ ਸ਼ਾਨਦਾਰ



ਗੁਰਦਾਸਪੁਰ, 24 ਮਈ (ਜਸਵਿੰਦਰ ਸਿੰਘ) : ਪੰਜਾਬ ਸਕੂਲ ਸਿੱਖਿਆ ਬੋਰਡ ਦੇ ਗੋਲਡਨ ਸੀਨੀਅਰ ਸੈਕੰਡਰੀ ਸਕੂਲ ਦੇ 12ਵੀਂ ਜਮਾਤ ਦੇ ਵਿਦਿਆਰਥੀਆਂ ਦੇ ਨਤੀਜੇ ਸ਼ਾਨਦਾਰ ਰਹੇ। ਚੇਅਰਮੈਨ ਡਾ. ਮੋਹਿਤ ਮਹਾਜਨ ਨੇ ਕਿਹਾ ਕਿ ਐਲਾਨੇ ਗਏ ਨਤੀਜਿਆਂ ਵਿੱਚ ਸਾਇੰਸ ਗਰੁੱਪ (ਮੈਡੀਕਲ ਤੇ ਨਾਨ-ਮੈਡੀਕਲ), ਕਾਮਰਸ ਗਰੁੱਪ ਤੇ ਆਰਟਸ ਗਰੁੱਪ ਦੇ ਵਿਦਿਆਰਥੀਆਂ ਨੇ ਬਹੁਤ ਵਧੀਆ ਅੰਕ ਪ੍ਰਾਪਤ ਕਰਕੇ ਸਕੂਲ, ਮਾਪਿਆਂ ਤੇ ਆਪਣੇ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਜਤਿੰਦਰ ਗੁਪਤਾ ਨੇ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਜਸਲੀਨ ਕੌਰ ਨੇ ਆਰਟਸ ਗਰੁੱਪ ਵਿੱਚ ਸਭ ਤੋਂ ਵੱਧ 95 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਟਾਪ ਕੀਤਾ ਹੈ, ਜਦੋਂ ਕਿ ਸਾਇੰਸ ਗਰੁੱਪ ਦੇ ਪਹਿਲੇ ਤਿੰਨ ਸਥਾਨਾਂ 'ਤੇ ਵਿਦਿਆਰਥੀਆਂ ਦਾ ਦਬਦਬਾ ਰਿਹਾ, ਜਿਨ੍ਹਾਂ ਵਿੱਚ ਨਮਰਤਾ, ਕੋਮਲਪ੍ਰੀਤ ਕੌਰ ਤੇ ਕੌਰਮਨ ਸ਼ਾਮਲ ਹਨ, ਜਿਨ੍ਹਾਂ ਨੇ 94 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਸਾਇੰਸ ਗਰੁੱਪ ਨੇ 94.4 ਪ੍ਰਤੀਸ਼ਤ ਅੰਕਾਂ ਨਾਲ ਪਹਿਲਾ ਸਥਾਨ, ਦੀਵਾਂਸ਼ ਨੇ 94.4 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਸਥਾਨ ਤੇ ਕੋਮਲਪ੍ਰੀਤ ਸ਼ਰਮਾ ਨੇ 93.6 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਕਾਮਰਸ ਗਰੁੱਪ ਵਿੱਚ ਜਾਨਵੀ ਤੇ ਖੁਸ਼ੀ ਨੇ 88.4 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਭੂਮੀ ਤੇ ਵਿਤੇਸ਼ਨਾਥ ਮਹੰਤ 88.2 ਪ੍ਰਤੀਸ਼ਤ ਅੰਕਾਂ ਨਾਲ ਤੀਜੇ ਸਥਾਨ 'ਤੇ ਰਹੇ। ਇਨ੍ਹਾਂ ਪੁਜੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਦੇ ਨਾਲ ਸਕੂਲ ਦੇ ਬਾਕੀ ਸਾਰੇ ਵਿਦਿਆਰਥੀ ਵੀ ਚੰਗੇ ਅੰਕਾਂ ਨਾਲ ਪਾਸ ਹੋਏ। ਸਕੂਲ ਵਿੱਚ 32 ਵਿਦਿਆਰਥੀ 90 ਪ੍ਰਤੀਸ਼ਤ ਤੋਂ ਵੱਧ ਅੰਕਾਂ ਨਾਲ ਪਾਸ ਹੋਏ, 84 ਲੜਕੀਆਂ 80 ਪ੍ਰਤੀਸ਼ਤ ਤੋਂ ਵੱਧ ਅੰਕਾਂ ਨਾਲ ਤੇ 20 ਵਿਦਿਆਰਥੀ 70 ਪ੍ਰਤੀਸ਼ਤ ਤੋਂ ਵੱਧ ਅੰਕਾਂ ਨਾਲ ਪਾਸ ਹੋਏ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਕਰਵਾਇਆ ਸ਼ੂਗਰ ਬੋਰਡ ਸੈਮੀਨਾਰ




ਧਾਰੀਵਾਲ, 24 ਮਈ (ਅਸ਼ੋਕ ਕੁਮਾਰ): ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸ਼ੂਗਰ ਬੋਰਡ ਸੈਮੀਨਾਰ ਕਰਵਾਇਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਸੈਮੀਨਾਰ ਜੋਬਨਪ੍ਰੀਤ ਕੌਰ (ਹੋਰਟੀਕਲਚਰ ਫਰੂਟ ਸਾਇੰਸ) ਦੁਆਰਾ ਲਗਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਨੂੰ ਜ਼ਿਆਦਾ ਸ਼ੂਗਰ ਵਾਲੀਆਂ ਵਸਤਾਂ ਲੈਣ ਨਾਲ ਹੋਣ ਵਾਲੇ ਨੁਕਸਾਨ ਤੋਂ ਜਾਣੂ ਕਰਵਾਇਆ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਕਿ ਮਿੱਠੀਆਂ ਵਸਤਾਂ ਵਿੱਚ ਹੀ ਸ਼ੂਗਰ ਨਹੀਂ ਬਲਕਿ ਵਿਦਿਆਰਥੀ ਜੋ ਸਨੈਕਸ ਦੇ ਰੂਪ ਵਿੱਚ ਚਿਪਸ ਕੁਰਕਰੇ ਆਦਿ ਵਸਤਾਂ ਖਾਂਦੇ ਹਨ, ਉਨ੍ਹਾਂ ਵਸਤੂਆਂ ਵਿੱਚ ਵੀ ਬਹੁਤ ਜ਼ਿਆਦਾ ਮਾਤਰਾ ਵਿੱਚ ਸ਼ੂਗਰ ਹੁੰਦੀ ਹੈ ਜੋ ਕਿ ਸਾਡੇ ਸਰੀਰਕ ਵਿਕਾਸ 'ਤੇ ਬਹੁਤ ਬੁਰਾ ਪ੍ਰਭਾਵ ਪਾਉਂਦੀ ਹੈ। ਉਨ੍ਹਾਂ ਨੇ ਦੱਸਿਆ ਕਿ ਇਨ੍ਹਾਂ ਵਸਤੂਆਂ ਦਾ ਸੇਵਨ ਬੱਚਿਆਂ ਲਈ ਮਿੱਠੇ ਜ਼ਹਿਰ ਦੀ ਤਰ੍ਹਾਂ ਹੈ ਜੋ ਕਿ ਬੱਚਿਆਂ ਨੂੰ ਹੌਲੀ-ਹੌਲੀ ਭਿਆਨਕ ਬਿਮਾਰੀਆਂ ਵੱਲ ਲੈ ਕੇ ਜਾਂਦਾ ਹੈ। ਪੁਰਾਣੇ ਸਮਿਆਂ ਵਿੱਚ ਸ਼ੂਗਰ ਨਾਂ ਦੀ ਇਹ ਬਿਮਾਰੀ ਕਿਤੇ-ਕਿਤੇ ਹੀ ਸੁਣਨ ਨੂੰ ਮਿਲਦੀ ਸੀ ਜੋ ਕਿ ਹੁਣ ਅਜੋਕੇ ਸਮੇਂ ਵਿੱਚ ਆਮ ਹੋ ਚੁੱਕੀ ਹੈ। ਛੋਟੇ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਇਹ ਬਿਮਾਰੀ ਆਮ ਹੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਜਿਹੀਆਂ ਵਸਤੂਆਂ ਦਾ ਪ੍ਰਯੋਗ ਬੰਦ ਕਰਕੇ ਇਸ ਜ਼ਹਿਰ ਤੋਂ ਬਚਣ ਲਈ ਪ੍ਰੇਰਿਤ ਕੀਤਾ ਗਿਆ। ਅੰਤ ਵਿੱਚ ਵਿਦਿਆਰਥੀਆਂ ਨੇ ਪ੍ਰਣ ਕੀਤਾ ਕਿ ਉਹ ਆਪ ਵੀ ਇਨ੍ਹਾਂ ਵਸਤਾਂ ਦਾ ਸੇਵਨ ਨਹੀਂ ਕਰਨਗੇ ਤੇ ਸਮਾਜ ਦੇ ਬਾਕੀ ਵਿਅਕਤੀਆਂ ਨੂੰ ਵੀ ਇਨ੍ਹਾਂ ਨੁਕਸਾਨਦਾਇਕ ਵਸਤੂਆਂ ਦਾ ਪ੍ਰਯੋਗ ਬੰਦ ਕਰਨ ਲਈ ਜਾਗਰੂਕ ਕਰਨਗੇ।

# ਅਰੋਗਿਆ ਕੇਂਦਰ ਕੋਟ ਟੋਡਰਮੱਲ ਵਿਖੇ ਹਾਈਪਰਟੈਨਸ਼ਨ ਦਿਵਸ ਮਨਾਇਆ



ਕਾਹਨੂੰਵਾਨ, 24 ਮਈ (ਕੁਲਜੀਤ ਸਿੰਘ ਖੋਖਰ): ਸਿਹਤ ਵਿਭਾਗ ਪੰਜਾਬ ਤੇ ਮਾਨਯੋਗ ਸਿਵਲ ਸਰਜਨ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤੇ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ.ਐੱਚ.ਸੀ. ਕਾਹਨੂੰਵਾਨ ਡਾ. ਨੀਲਮ ਦੀ ਅਗਵਾਈ ਹੇਠ ਆਯੁਸ਼ਮਾਨ ਅਰੋਗਿਆ ਕੇਂਦਰ ਕੋਟ ਟੋਡਰਮੱਲ ਦੀ ਟੀਮ ਵੱਲੋਂ ਸਰਕਾਰੀ ਹਾਈ ਸਕੂਲ ਵਿਖੇ ਹਾਈਪਰਟੈਨਸ਼ਨ ਅਵੇਅਰਨੈੱਸ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਲੋਕਾਂ ਨੂੰ ਬਲੱਡ ਪ੍ਰੈਸ਼ਰ ਦੇ ਕੰਟਰੋਲ ਕਰਨ ਦੇ ਤਰੀਕੇ ਤੇ ਪ੍ਰਹੇਜ ਤੋਂ ਜਾਣੂ ਕਰਵਾਇਆ ਗਿਆ। ਡਾ. ਸੁਰਿੰਦਰ ਪਾਲ ਨੇ ਦੱਸਿਆ ਕਿ ਬੀਪੀ ਨੂੰ ਕੰਟਰੋਲ ਰੱਖਣ ਲਈ ਸਾਨੂੰ ਘੱਟ ਨਮਕ ਦੀ ਮਾਤਰਾ ਲਗਭਗ ਪੰਜ ਗ੍ਰਾਮ ਇੱਕ ਦਿਨ ਵਿੱਚ ਲੈਣੀ ਚਾਹੀਦੀ ਹੈ ਤੇ ਰੋਜ਼ਾਨਾ ਸੈਰ ਜਾਂ ਕਸਰਤ ਕਰਨੀ ਚਾਹੀਦੀ ਹੈ।

# ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 44 ਲੱਖ ਦੀ ਲਾਗਤ ਨਾਲ ਬਣੇਗਾ ਸਕੂਲ ਆਫ ਹੈਪੀਨੈਸ: ਰਾਏ

ਫ਼ਤਹਿਗੜ੍ਹ ਸਾਹਿਬ, 24 ਮਈ (ਹਰਪ੍ਰੀਤ ਕੌਰ ਟਿਵਾਣਾ): ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਸਰਕਾਰੀ ਐਲੀਮੈਂਟਰੀ ਸਕੂਲ ਬਰਾਸ ਵਿਖੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਆਯੋਜਿਤ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਸਕੂਲ ਨੂੰ ਸਕੂਲ ਆਫ ਹੈਪੀਨੈਸ ਵਜੋਂ ਵਿਕਸਤ ਕਰਨ ਲਈ 44 ਲੱਖ ਰੁਪਏ ਦੀ ਗਰਾਂਟ ਜਾਰੀ ਕੀਤੀ ਗਈ ਹੈ। ਉਨ੍ਹਾਂ ਇਮਾਰਤ ਦਾ ਨੀਂਹ ਪੱਥਰ ਰੱਖਣ ਉਪਰੰਤ ਦੱਸਿਆ ਕਿ ਜਿੱਥੇ ਇਸ ਰਾਸ਼ੀ ਨਾਲ ਸਕੂਲ ਆਫ ਹੈਪੀਨੈਸ ਦੀ ਸ਼ਾਨਦਾਰ ਇਮਾਰਤ ਦੀ ਉਸਾਰੀ ਕੀਤੀ ਜਾਵੇਗੀ, ਉੱਥੇ ਨਾਲ ਹੀ ਅਕਾਦਮਿਕ ਸੁਵਿਧਾਵਾਂ ਵਿੱਚ ਵੀ ਵੱਡਾ ਵਾਧਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਦਾ ਟੀਚਾ ਮਿੱਥਿਆ ਹੋਇਆ ਹੈ ਤਾਂ ਜੋ ਵਿਦਿਆਰਥੀ ਆਧੁਨਿਕ ਤਕਨੀਕਾਂ ਨਾਲ ਸਿੱਖਿਆ ਹਾਸਲ ਕਰਕੇ ਸਮੇਂ ਦੇ ਹਾਣੀ ਬਣ ਸਕਣ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦਾ ਕਾਇਆ ਕਲਪ ਕਰਨ ਦੀ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਸਕੂਲਾਂ ਵਿੱਚ ਵਿਕਾਸ ਕਾਰਜਾਂ ਲਈ ਗਰਾਂਟਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਉਸਾਰੂ ਵਿੱਦਿਅਕ ਮਾਹੌਲ ਪ੍ਰਦਾਨ ਕੀਤਾ ਜਾ ਰਿਹਾ ਹੈ ਅਤੇ ਸਾਡੇ ਵਿਦਿਆਰਥੀ ਨਾ ਕੇਵਲ ਪੜ੍ਹਾਈ ਬਲਕਿ ਸੱਭਿਆਚਾਰਕ ਅਤੇ ਖੇਡ ਮੁਕਾਬਲਿਆਂ ਵਿੱਚ ਵੀ ਸ਼ਲਾਘਾਯੋਗ ਪ੍ਰਾਪਤੀਆਂ ਦਰਜ ਕਰ ਰਹੇ ਹਨ।



ਉਨ੍ਹਾਂ ਕਿਹਾ ਕਿ ਅਜਿਹੇ ਸਮੇਂ ਵਿੱਚ ਸਰਕਾਰੀ ਸਕੂਲ ਹਰ ਪੱਖੋਂ ਪ੍ਰਾਈਵੇਟ ਸਕੂਲਾਂ ਨੂੰ ਮਾਤ ਦੇ ਰਹੇ ਹਨ ਜਿਸ ਕਰਕੇ ਦਾਖਲਾ ਸੈਸ਼ਨ ਦੌਰਾਨ ਪ੍ਰਾਈਵੇਟ ਸਕੂਲਾਂ ਨੂੰ ਛੱਡ ਕੇ ਸਰਕਾਰੀ ਸਕੂਲਾਂ ਵਿੱਚ ਦਾਖਲ ਹੋਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਵਿੱਚ ਵੀ ਵੱਡਾ ਵਾਧਾ ਹੁੰਦਾ ਨਜ਼ਰ ਆ ਰਿਹਾ ਹੈ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਕਮਲਜੀਤ ਕੌਰ, ਸਰਪੰਚ ਇੰਦਰਜੀਤ ਸਿੰਘ, ਬਲਾਕ ਪ੍ਰਾਇਮਰੀ ਐਜੂਕੇਸ਼ਨ ਅਫਸਰ ਹਰਬੰਸ ਸਿੰਘ, ਸੀਐਚਟੀ ਗੁਰਮੀਤ ਸਿੰਘ, ਹੈਡ ਟੀਚਰ ਸੰਦੀਪ ਕੌਰ, ਗੁਰਨਾਮ ਸਿੰਘ, ਸ਼ਿੰਗਾਰਾ ਸਿੰਘ, ਬਿਕਰ ਸਿੰਘ, ਪੁਨੀਤ ਕਪੂਰ, ਗੁਰਮੀਤ ਸਿੰਘ ਪੰਚ, ਤੇਜਪਾਲ ਸਿੰਘ, ਹਰਮੇਸ਼ ਸਿੰਘ ਪੁਨੀਆ, ਜਗਜੀਤ ਸਿੰਘ ਚੋਲਟੀ ਖੇੜੀ, ਕੁਲਵਿੰਦਰ ਸਿੰਘ ਬੀਬੀਪੁਰ, ਰਵਿੰਦਰ ਸਿੰਘ ਭੰਗੂ, ਮੇਜਰ ਸਿੰਘ ਭਾਂਮਪੁਰ, ਸ਼ੁਕਰਦੀਨ, ਪ੍ਰਹਿਲਾਦ ਸਿੰਘ, ਹੈਪੀ ਭੈਣੀ, ਸਤਨਾਮ ਸਿੰਘ ਭੈਣੀ ਅਤੇ ਪੀਏ ਸਤੀਸ਼ ਲਟੌਰ ਸਮੇਤ ਹੋਰ ਆਗੂ ਅਤੇ ਪਿੰਡ ਵਾਸੀ ਹਾਜ਼ਰ ਸਨ।

# ਕੌਮੀ ਲੋਕ ਅਦਾਲਤ ਰਾਹੀਂ ਲੰਬੇ ਸਮੇਂ ਤੋਂ ਅਲੱਗ ਰਹਿ ਰਹੇ ਵਿਆਹੁਤ ਜੋੜੇ ਨੂੰ ਮੁੜ ਕੀਤਾ ਇਕੱਠੇ

ਸ਼ਹੀਦ ਭਗਤ ਸਿੰਘ ਨਗਰ, 24 ਮਈ (ਸੁਖਦੇਵ ਸਿੰਘ ਉੜਾਪੜ): ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅੱਜ ਲਗਾਈ ਗਈ ਕੌਮੀ ਲੋਕ ਅਦਾਲਤ ਰਾਹੀਂ ਲੰਬੇ ਸਮੇਂ ਤੋਂ ਅਲੱਗ ਰਹਿ ਰਹੇ ਸ਼ਾਦੀਸ਼ੁਦਾ ਜੋੜੇ ਦਾ ਮੁੜ ਘਰ ਵਸਾਇਆ ਗਿਆ ਹੈ। ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼ਹੀਦ ਭਗਤ ਸਿੰਘ ਨਗਰ ਪ੍ਰਿਆ ਸੂਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਨੀਵਾਰ ਨੂੰ ਜ਼ਿਲ੍ਹੇ ਅਤੇ ਸਬ-ਡਵੀਜ਼ਨ ਬਲਾਚੌਰ ਵਿਖੇ ਕੌਮੀ ਲੋਕ ਅਦਾਲਤ ਲਗਾਈ ਗਈ ਹੈ। ਇਸ ਕੌਮੀ ਲੋਕ ਅਦਾਲਤ ਦੌਰਾਨ ਫੈਮਿਲੀ ਕੋਰਟ, ਸ਼ਹੀਦ ਭਗਤ ਸਿੰਘ ਨਗਰ ਵਿੱਚ ਇਕ ਸ਼ਾਦੀਸ਼ੁਦਾ ਜੋੜੇ ਨਰਿੰਦਰਜੀਤ ਧੀਰ ਬਨਾਮ ਨੀਲਮ ਰਾਣੀ ਦਾ ਕੇਸ ਲੱਗਾ ਹੋਇਆ ਸੀ। ਉਨ੍ਹਾਂ ਦੱਸਿਆ ਕਿ ਇਹ ਜੋੜਾ ਕਾਫੀ ਸਮੇਂ ਤੋਂ ਅਲੱਗ ਰਹਿ ਰਿਹਾ ਸੀ। ਉਨ੍ਹਾਂ ਦੱਸਿਆ ਕਿ ਪ੍ਰਿੰਸੀਪਲ ਜੱਜ ਫੈਮਿਲੀ ਕੋਰਟ ਬਲਜਿੰਦਰ ਸਿੰਘ ਮਾਨ ਅਤੇ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਬੀ.ਐਸ ਨਗਰ ਡਾ.ਅਮਨਦੀਪ ਵੱਲੋਂ ਉਕਤ ਜੋੜੇ ਦੀ ਕਾਊਂਸਲਿੰਗ ਕੀਤੀ ਗਈ ਤੇ ਉਨ੍ਹਾਂ ਦਾ ਆਪਸੀ ਰਜ਼ਾਮੰਦੀ ਨਾਲ ਘਰ ਵਸਾਉਣ ਅਤੇ ਫੈਸਲਾ ਕਰਵਾਉਣ ਦੇ ਯਤਨ ਕੀਤੇ ਗਏ। ਦੋਵਾਂ ਧਿਰਾਂ ਨੂੰ ਕੌਮੀ ਲੋਕ ਅਦਾਲਤ ਵਿੱਚ ਹੋਣ ਵਾਲੇ ਕੇਸਾਂ ਦੇ ਫੈਸਲਿਆਂ ਦੇ ਫਾਇਦਿਆਂ ਤੋਂ ਜਾਣੂੰ ਕਰਵਾਇਆ ਗਿਆ। ਇਸ ਤੋਂ ਬਾਅਦ ਦੋਵੇਂ ਧਿਰਾਂ ਆਪਸੀ ਰਜ਼ਾਮੰਦੀ ਨਾਲ ਦੁਬਾਰਾ ਇਕੱਠੇ ਰਹਿਣ ਲਈ ਰਜ਼ਾਮੰਦ ਹੋ ਗਈਆਂ।ਉਨ੍ਹਾਂ ਦੱਸਿਆ ਕਿ ਕੋਰਟ ਵੱਲੋਂ ਦੋਵੇਂ ਧਿਰਾਂ ਦਾ ਕੇਸ ਕੌਮੀ ਲੋਕ ਅਦਾਲਤ ਵਿੱਚ ਰਖਵਾਇਆ ਗਿਆ, ਜਿੱਥੇ ਦੋਵਾਂ ਧਿਰਾਂ ਦਾ ਆਪਸੀ ਰਜ਼ਾਮੰਦੀ ਤੇ ਸਮਝੌਤੇ ਨਾਲ ਫੈਸਲਾ ਕਰਵਾ ਕੇ ਘਰ ਵਸਾਉਣ ਦਾ ਉਪਰਾਲਾ ਕੀਤਾ ਗਿਆ ਅਤੇ ਦੋਵੇਂ ਧਿਰਾਂ ਦੁਬਾਰਾ ਇਕੱਠੇ ਰਹਿਣ ਲਈ ਤਿਆਰ ਹੋ ਗਈਆਂ। ਨਰਿੰਦਰ ਜੀਤ ਧੀਰ ਨੇ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦਾ ਧੰਨਵਾਦ ਕਰਦਿਆਂ ਕਿਹਾ ਇਨ੍ਹਾਂ ਦੇ ਯਤਨਾ ਸਦਕਾ ਅੱਜ ਉਜੜਦਾ ਘਰ ਦੁਬਾਰਾ ਵਸ ਗਿਆ ਹੈ। ਦੋਵਾਂ ਧਿਰਾਂ ਦੇ ਪਰਿਵਾਰਿਕ ਮੈਂਬਰਾਂ ਨੇ ਵੀ ਆਮ ਲੋਕਾਂ ਨੂੰ ਆਉਣ ਵਾਲੀ ਕੌਮੀ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ ਅਤੇ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਬੀ.ਐਸ ਨਗਰ ਵੱਲੋਂ ਕੌਮੀ ਲੋਕ ਅਦਾਲਤ ਰਾਹੀਂ ਆਮ ਲੋਕਾਂ ਦੇ ਹਿੱਤਾਂ ਦੇ ਹੱਕ ਵਿੱਚ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ।

# ਭਾਰਤੀ ਚੋਣ ਪ੍ਰਣਾਲੀ ਲਈ ਯੋਗਤਾ

ਮਨਪ੍ਰੀਤ ਕੌਰ ਸਹਾਇਕ
ਪ੍ਰੋਫੈਸਰ, ਲਾਅ ਬਾਬਾ ਫਰੀਦ ਲਾਅ ਕਾਲਜ, ਫਰੀਦਕੋਟ
ਮੋ. 7526936128

ਸਾਡਾ ਦੇਸ਼ ਭਾਰਤ ਜੋ ਕਿ ਬਹੁਤ ਹੀ ਮਹਾਨ ਮੰਨਿਆ ਜਾਂਦਾ ਹੈ ਇਸ ਵਿੱਚ ਕੋਈ ਸ਼ੱਕ ਨਹੀਂ ਕੀ ਭਾਰਤ ਇਕ ਮਹਾਨ ਦੇਸ਼ ਹੈ। ਜੇ ਅਸੀਂ ਭਾਰਤ ਦੀ ਚੋਣ ਪ੍ਰਣਾਲੀ ਦੀ ਗੱਲ ਕਰੀਏ ਤਾਂ ਪਹਿਲੀ ਵਾਰ ਵੋਟਾਂ 25-10-1951 ਅਤੇ 21-2-1952 ਦੇ ਵਿਚਕਾਰ ਕਰਵਾਇਆ ਗਈਆ, ਇਹ ਮੰਨਿਆ ਜਾਂਦਾ ਹੈ ਕਿ ਇਹ ਦੁਨੀਆਂ ਦੇ ਸਭ ਤੋਂ ਵੱਡੇ ਪੱਧਰ ਉੱਪਰ ਕਰਾਉਣ ਵਾਲੀਆਂ ਚੋਣਾਂ ਸਨ। ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਜੀ ਬਣੇ ਜਿਨ੍ਹਾਂ ਨੇ 17 ਸਾਲ ਮੁੱਖੀ ਹੋਣ ਦਾ ਮਾਣ ਪ੍ਰਾਪਤ ਕੀਤਾ। ਨਹਿਰੂ ਜੀ ਇਕ ਚੋਟੀ ਦੇ ਵਕੀਲ ਸਨ, ਜਿਨ੍ਹਾਂ ਨੇ ਆਪਣੇ ਲੀਗਲ ਪੇਸ਼ੇ ਕਰਕੇ ਆਪਣੇ ਦੇਸ਼ ਨੂੰ ਅੱਗੇ ਲੈ ਕੇ ਜਾਣ 'ਚ ਕਾਫੀ ਹੱਦ ਤੱਕ ਸਫਲ ਰਹੇ। ਕੀ ਅੱਜ ਦੇ ਸਮੇਂ ਵਿੱਚ ਸਾਡੇ ਕੋਲ ਪੜ੍ਹੇ ਲਿਖੇ ਅਤੇ ਸੁਝਵਾਨ ਲੀਡਰ ਹਨ? ਸਾਡੇ ਸੰਵਿਧਾਨ ਜੋ ਕਿ ਸਾਨੂੰ ਯੋਗਤਾਵਾ ਬਾਰੇ ਦੱਸਦਾ ਹੈ ਕਿ 1 ਉਹ ਭਾਰਤ ਦਾ ਨਾਗਰਿਕ ਹੋਣਾ ਚਾਹੀਦਾ ਹੈ। 2 ਉਮਰ 25 ਸਾਲ ਤੋਂ ਘੱਟ ਨਹੀਂ ਹੋਣੀ ਚਾਹੀਦੀ। 3 ਦਿਮਾਗੀ ਤੌਰ 'ਤੇ ਠੀਕ ਹੋਣਾ ਚਾਹੀਦਾ ਹੈ। 4 ਕਿਸੇ ਵੀ ਤਰ੍ਹਾਂ ਦੇ ਜੁਲਮ ਵਿੱਚ ਨਹੀਂ ਸ਼ਾਮਲ ਹੋਣਾ ਚਾਹੀਦਾ। ਆਦਿ ਇਹ ਸਭ ਯੋਗਤਾਵਾਂ ਦੀ ਗੱਲ ਤਾਂ ਅਸੀਂ ਕਰ ਰਹੇ ਹਾਂ, ਪਰ ਕਿਤੇ ਵੀ ਇਹ ਨਹੀਂ ਦੱਸਿਆ ਗਿਆ ਕਿ ਤੁਹਾਡੀ ਪੜ੍ਹਾਈ ਕਿੰਨੀ ਹੋਣੀ ਚਾਹੀਦੀ ਹੈ। ਭਾਰਤ ਵਿੱਚ ਉਪਰ ਵਰਗੀਆਂ ਯੋਗਤਾਵਾਂ ਦੇ ਨਾਲ-ਨਾਲ ਪੜ੍ਹਾਈ ਦੀ ਯੋਗਤਾ ਵੀ ਹੋਣੀ ਚਾਹੀਦੀ ਹੈ ਤਾਂ ਕਿ ਸਾਡੇ ਸਮਾਜ ਅੰਦਰ ਦੀਆਂ ਛੁਪਾਈਆਂ ਨੂੰ ਸਮਝਿਆ ਜਾ ਸਕੇ। ਸਾਡੇ ਕੁਝ ਕੁ ਰਾਜਾਂ ਦੇ ਬਹੁਤ ਸਾਰੇ ਐਮ ਪੀ, ਐਮ ਐਲ ਏ ਪੜ੍ਹਾਈ ਪੱਖ ਤੋਂ ਜ਼ੀਰੋ ਹਨ,ਇਹ ਬਹੁਤ ਵੱਡਾ ਦੁਖ ਦੇਖਣ ਨੂੰ ਮਿਲਦਾ ਹੈ ਕਿ ਕੋਈ ਮਾਸਟਰ, ਡਾਕਟਰ, ਪ੍ਰੋਫੈਸਰ, ਜੱਜ, ਵਕੀਲ ਦੀ ਚੋਣ ਅਸੀਂ ਆਪਣੇ ਦੇਸ਼ ਦੇ ਉੱਜਵਲ ਭਵਿੱਖ ਲਈ ਕਰਦੇ ਹਾਂ। ਕੋਈ ਵੀ ਵਿਅਕਤੀ ਬਹੁਤ ਹੀ ਆਰਾਮ ਨਾਲ ਆ ਕੇ ਫਾਰਮ ਭਰ ਲੈਂਦਾ ਅਤੇ ਆਪਣੇ-ਆਪ ਨੂੰ ਐਮ ਪੀ, ਐਮ ਐਲ ਏ ਦੀ ਪੋਸਟ ਤੱਕ ਪਹੁੰਚਾ ਲੈਂਦਾ ਹੈ। ਇਹ ਬਹੁਤ ਹੀ ਦੁੱਖ ਦੀ ਗੱਲ ਹੈ ਕਿ ਜਿੱਥੇ ਕਿ ਪੀ ਐਚ ਡੀ ਕੀਤਾ ਹੋਇਆ ਵਿਅਕਤੀ ਇਕ ਅਨਪੜ੍ਹ ਨੂੰ ਵੋਟ ਦੇ ਹੱਕ ਵਿੱਚ ਵੋਟ ਪਾ ਕੇ ਆਪਣੇ ਉਜਵਲ ਭਵਿੱਖ ਦੀ ਉਮੀਦ ਰੱਖਦਾ ਹੈ। ਸਾਡੀ ਚੋਣ ਪ੍ਰਣਾਲੀ ਬਾਕੀ ਦੇਸ਼ਾਂ ਵਾਂਗ ਬਹੁਤ ਪੁਰਾਣੀ ਹੈ,ਪਰ ਇਹ ਵੀ ਇੱਕ ਕੌੜਾ ਸੱਚ ਹੈ ਕਿ ਅੱਜ ਤੱਕ ਸਾਡੇ ਦੇਸ਼ ਵਿੱਚ ਐਮ ਐਲ ਏ, ਐਮ ਪੀ ਲਈ ਪੜ੍ਹਾਈ ਦੀ ਯੋਗਤਾ ਨਹੀਂ ਰੱਖੀ ਗਈ। ਸਾਡੇ ਪਿੰਡਾ ਦੇ ਅਨਪੜ੍ਹ ਸਰਪੰਚ ਆਪਣੇ-ਆਪ ਨੂੰ ਕਿਸੇ ਆਈ ਏ ਐਸ, ਆਈ ਪੀ ਐਸ ਤੋਂ ਘੱਟ ਨਹੀਂ ਸਮਝਦੇ। ਕੋਈ ਵੀ ਘੱਟ ਪੜ੍ਹਿਆ ਲਿਖਿਆ ਐਮ ਐਲ ਏ, ਐਮ ਪੀ ਆਪਣੀ ਪੋਸਟ ਦਾ ਰੁਤਬਾ ਦਿਖਾਉਂਦਿਆ ਇਹਨਾ ਅਕਸਰ ਉੱਚ ਪੱਧਰ ਦੇ ਅਫਸਰਾ ਨੂੰ ਦਬਾਅ ਜਾਂਦਾ ਹੈ। ਸਾਡੇ ਦੇਸ਼ ਨੂੰ ਆਰਥਿਕ, ਸਮਾਜਿਕ, ਰਾਜਨੀਤਕ ਤੌਰ 'ਤੇ ਉੱਚਾ ਚੁੱਕਣ ਲਈ ਸਭ ਤੋਂ ਪਹਿਲਾ ਸਾਡੇ ਐਮ ਐਲ ਏ, ਐਮ ਪੀ, ਸਰਪੰਚ, ਪੰਚ ਆਦਿ ਦੀਆ ਬਾਕੀ ਯੋਗਤਾਵਾ ਦੇ ਨਾਲ-ਨਾਲ ਪੜ੍ਹਾਈ ਦੀ ਯੋਗਤਾ ਘੱਟੋ-ਘੱਟ ਗ੍ਰੇਜੂਏਟ ਹੋਣਾ ਚਾਹੀਦਾ ਹੈ। ਭਾਰਤ ਦੇ ਸੰਵਿਧਾਨ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਲਿਖਿਆ ਹੋਇਆ ਹੈ,ਪਰ ਇਸ ਦੇ ਨਾਲ ਨਾਲ ਸਮੇਂ ਦੀ ਲੋੜ ਦੇ ਹਿਸਾਬ ਨਾਲ ਇਸ ਨੂੰ ਕੁਝ ਚੀਜ਼ਾ ਨੂੰ ਬਦਲਣਾ ਬਹੁਤ ਜ਼ਰੂਰੀ ਹੈ। ਅੰਤ ਇਹ ਕਹਿਣਾ ਚਾਹੁੰਦੀ ਹਾਂ ਜਿਵੇਂ ਸਾਨੂੰ ਆਈ ਏ ਐਸ, ਆਈ ਪੀ ਐਸ ਬਨਣ ਲਈ ਟੈਸਟ ਦੇਣਾ ਪੈਂਦਾ ਹੈ ਉਵੇਂ ਹੀ ਐਮ ਐਲ ਏ, ਐਮ ਪੀ ਲਈ ਵੀ ਇਕ ਯੋਗਤਾ ਟੈਸਟ ਹੋਣਾ ਚਾਹੀਦਾ ਹੈ।

## ਮਾਤਾ ਗੁਜਰੀ ਕਾਲਜ ਵਿਖੇ ਪਲਾਸਟਿਕ ਰੋਕਥਾਮ ਮੁਹਿੰਮ ਦਾ ਆਗਾਜ਼

ਫ਼ਤਹਿਗੜ੍ਹ ਸਾਹਿਬ, 24 ਮਈ (ਹਰਪ੍ਰੀਤ ਕੌਰ ਟਿਵਾਣਾ) : ਮਾਤਾ ਗੁਜਰੀ ਕਾਲਜ ਵਿਖੇ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਪਲਾਸਟਿਕ ਦੇ ਵੱਧਦੇ ਪ੍ਰਭਾਵ ਨੂੰ ਰੋਕਣ ਲਈ 22 ਮਈ ਤੋਂ 5 ਜੂਨ ਤੱਕ ਇੱਕ ਵਿਸ਼ੇਸ਼ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਉਦਘਾਟਨੀ ਸਮਾਰੋਹ ਵਿੱਚ ਵਿਦਿਆਰਥੀਆਂ ਨੂੰ ਪਲਾਸਟਿਕ ਰੂਪੀ ਵੱਧਦੇ ਪ੍ਰਦੂਸ਼ਣ ਦੇ ਖਤਰੇ ਬਾਰੇ ਸੁਚੇਤ ਕਰਦਿਆਂ ਦੱਸਿਆ ਕਿ ਮਨੁੱਖ ਦਾ ਸਰੀਰ ਪੰਜ ਤੱਤਾਂ ਦਾ ਬਣਿਆ ਹੋਇਆ ਹੈ ਜੋ ਨਾਸ਼ਵਾਨ ਹੈ, ਪਰ ਮਨੁੱਖ ਵੱਲੋਂ ਬਣਾਏ ਗਏ ਪਲਾਸਟਿਕ ਅਤੇ ਕੱਚ ਨਾਸ਼ਵਾਨ ਨਹੀਂ ਹਨ ਅਤੇ ਹਰ ਸਾਲ ਧਰਤੀ 'ਤੇ ਇਨ੍ਹਾਂ ਦਾ ਪਹਾੜ ਰੂਪੀ ਕਚਰਾ ਇਕੱਠਾ ਹੁੰਦਾ ਜਾ ਰਿਹਾ ਹੈ, ਜਿਸ ਦਾ ਮਨੁੱਖਾਂ, ਪੰਛੀਆਂ ਅਤੇ ਜਾਨਵਰਾਂ 'ਤੇ ਮਾੜ੍ਹਾ ਪ੍ਰਭਾਵ ਪੈ ਰਿਹਾ ਹੈ।



ਇਸ ਲਈ ਪਲਾਸਟਿਕ ਰੋਕਥਾਮ ਸਾਡੀ ਸੰਯੁਕਤ ਜ਼ਿੰਮੇਵਾਰੀ ਹੈ ਤਾਂ ਜੋ ਅਸੀਂ ਆਪਣੀ ਧਰਤੀ, ਜਲ, ਹਵਾ ਅਤੇ ਜੰਗਲਾਤ ਨੂੰ ਸੁਰੱਖਿਅਤ ਰੱਖ ਸਕੀਏ। ਇਸ ਪ੍ਰੋਗਰਾਮ ਦੇ ਕਨਵੀਨਰ ਕਾਲਜ ਦੇ ਬਾਟਨੀ ਅਤੇ ਵਾਤਾਵਰਨ ਵਿਭਾਗ ਦੇ ਮੁਖੀ ਡਾ. ਲਵਨੀਤ ਕੌਰ ਨੇ ਦੱਸਿਆ ਕਿ ਇਹ ਪ੍ਰੋਗਰਾਮ ਕਾਲਜ ਵਿਖੇ ਲਗਾਤਾਰ 5 ਜੂਨ ਤੱਕ ਚੱਲੇਗਾ, ਜਿਸ ਵਿੱਚ ਵਿਦਿਆਰਥੀਆਂ ਦੀ ਜਾਣਕਾਰੀ ਅਤੇ ਜਾਗਰੂਕਤਾ ਲਈ ਵੱਖ-ਵੱਖ ਰਚਨਾਤਮਕ ਮੁਕਾਬਲੇ ਵੀ ਕਰਵਾਏ ਜਾਣਗੇ। ਇਸ ਮੌਕੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਸਟਾਫ ਮੈਂਬਰ ਡਾ. ਨੀਤੂ ਤ੍ਰੇਹਨ, ਡਾ. ਅਜੇ ਸਿੰਘ, ਡਾ. ਵਿਜੇ ਸਿੰਘ, ਡਾ. ਸੰਦੀਪ ਕੁਮਾਰ ਸਿੰਘ ਅਤੇ ਡਾ. ਰਜਨੀਸ਼ ਠਾਕੁਰ ਆਦਿ ਹਾਜ਼ਰ ਸਨ।

# ਪਬਲਿਕ ਸਕੂਲ ਨੇ ਦਸਵੀਂ ਤੇ ਬਾਰਵੀਂ ਨਤੀਜੇ 'ਚ ਮਾਰੀਆਂ ਮੱਲਾਂ

ਭੋਗਪੁਰ, 24 ਮਈ ( ਜੰਡੀਰ ਸੈਣੀ ): ਸੈਂਟ ਸੋਲਜ਼ਰ ਡਿਵਾਇਨ ਪਬਲਿਕ ਸਕੂਲ ਭੋਗਪੁਰ ਨੇ ਇਤਿਹਾਸ ਨੂੰ ਦੁਹਰਾਉਂਦੇ ਹੋਏ ਸੀ ਬੀ ਐਸ ਈ ਵੱਲੋਂ ਐਲਾਨੇ ਗਏ ਦਸਵੀਂ ਅਤੇ 12ਵੀਂ ਜਮਾਤ ਦੇ ਨਤੀਜੇ ਵਿੱਚ ਫਿਰ ਤੋਂ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ ਹਨ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਅਮਰੀਕ ਸਿੰਘ ਮਿਨਹਾਸ ਨੇ ਦੱਸਿਆ ਕਿ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਹੈ। ਸ: ਅਮਰੀਕ ਸਿੰਘ ਦਾ ਕਹਿਣਾ ਹੈ ਕਿ ਇਸ ਵਾਰ ਦਸਵੀਂ ਜਮਾਤ ਵਿੱਚੋਂ ਪਹਿਲਾ ਸਥਾਨ ਦਿਵਿਆ ਨੇ 94.2% ਅੰਕ ਲੈ ਕੇ ਪਹਿਲਾ ਸਥਾਨ, ਦੂਜਾ ਸਥਾਨ ਗੁਰਕਿਰਨ ਕੌਰ ਨੇ 93.8%, ਕਿਰਨਦੀਪ ਕੌਰ ਨੇ 92% ਲੈ ਕੇ ਤੀਜਾ ਸਥਾਨ ਹਾਸਿਲ ਕੀਤਾ ਹੈ।ਇਸੇ ਤਰ੍ਹਾਂ ਪੁਨੀਤ ਕੌਰ ਨੇ 91.6%, ਨਵਦੀਪ ਕੌਰ ਨੇ 91.4%, ਗੁਰਵਿੰਦਰ ਸਿੰਘ ਨੇ 90.8% ਅਤੇ ਦਿਵਿਆ ਆਨੰਦ ਨੇ 90% ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਜਸਲੀਨ ਕੌਰ, ਦਮਨਵੀਰ ਸੰਧੂ, ਜੈਸਿਕਾ ਅਰੋੜਾ, ਸਿੰਘ ਕਰਨਜੋਤ, ਸਿਮਰਨਪ੍ਰੀਤ ਕੌਰ, ਦਮਨਪ੍ਰੀਤ ਕੌਰ, ਰਵਜੀਤ ਕੌਰ, ਰਣਵੀਰ ਨਿੱਜਰ, ਜਸਲੀਨ ਕੌਰ, ਦੀਆ, ਮਨਵੀਰ ਸਿੰਘ, ਸਿਮਰਪ੍ਰੀਤ ਸਿੰਘ, ਅਵਨੀਤ ਸਿੰਘ, ਸਹਿਜਪ੍ਰੀਤ ਸਿੰਘ, ਸੁਖਮਨਪ੍ਰੀਤ ਸਿੰਘ, ਮਨਪ੍ਰੀਤ ਕੌਰ, ਨਿਮਰਤ ਕੌਰ, ਪ੍ਰਤੀਕ, ਰੌਹਿਤਪ੍ਰੀਤ ਸਿੰਘ, ਹਨੀਸ਼ ਕੁਮਾਰ, ਜਪਲੀਨ ਕੌਰ ਅਤੇ ਹਰਸ਼ ਸੈਣੀ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਹੀ ਸਕੂਲ ਦੇ ਬਾਰਵੀਂ ਜਮਾਤ ਦੇ ਤਿੰਨੋਂ ਗਰੁੱਪ ਆਰਟਸ, ਕਾਮਰਸ ਅਤੇ ਸਾਇੰਸ ਦੇ ਵਿਦਿਆਰਥੀਆਂ ਨੇ ਉੱਤਮ ਪ੍ਰਦਰਸ਼ਨ ਕੀਤਾ। ਅੰਮ੍ਰਿਤਪਾਲ ਸਿੰਘ 94.4% (ਕਾਮਰਸ) ਨੇ ਪਹਿਲਾ ਸਥਾਨ, ਅੰਮ੍ਰਿਤਪਾਲ ਸਿੰਘ 91.4% (ਕਾਮਰਸ) ਨੇ ਦੂਜਾ ਸਥਾਨ, ਕਰਨਵੀਰ ਸਿੰਘ ਨੇ 91.2% (ਕਾਮਰਸ) ਨੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸੇ ਤਰ੍ਹਾਂ ਹੀ ਨਵਨੀਤ ਕੌਰ 91% (ਨਾਨ ਮੈਡੀਕਲ) ਅਤੇ ਹਰਲੀਨ ਕੌਰ 90% (ਕਾਮਰਸ) ਅੰਕ ਪ੍ਰਾਪਤ ਕੀਤੇ ਹਨ। ਗੁਰਲੀਨ ਕੌਰ, ਯਸ਼ਿਕਾ ਬੇਦੀ, ਯੁਵਰਾਜ ਸੰਧੂ, ਪਰਮੀਤ ਕੌਰ, ਈਸ਼ਵਰ ਸਿੰਘ, ਅਰਸ਼ਪ੍ਰੀਤ ਕੌਰ, ਹਰਸ਼ਾਨ ਸਿੰਘ, ਪਰਮਵੀਰ ਸਿੰਘ, ਸਹਿਜਪਾਲ,ਸਿਮਰਨ, ਜਸ਼ਨਦੀਪ ਕੌਰ, ਪਲਵੀ, ਰਾਜਦੀਪ ਸਿੰਘ, ਹਰਵਿੰਦਰ ਸਿੰਘ, ਅਨਮੋਲ ਪ੍ਰੀਤ ਕੌਰ, ਇੰਦਰਪ੍ਰੀਤ ਕੌਰ, ਕਿਰਨਪ੍ਰੀਤ ਕੌਰ, ਗੁਰਮੀਤ ਕੌਰ, ਨਵਜੋਤ, ਕੋਮਲਪ੍ਰੀਤ ਕੌਰ, ਵਰਿੰਦਰ ਸਿੰਘ, ਅਰਮਾਨ, ਤਰਨਪ੍ਰੀਤ ਸਿੰਘ, ਇਨਵੀਰ ਕੌਰ, ਸੁਖਮਨਪ੍ਰੀਤ ਸਿੰਘ,ਮਨਰਾਜਵੀਰ ਕੌਰ, ਰਮਨਜੋਤ, ਪਵਨਪ੍ਰੀਤ ਸਿੰਘ ਅਤੇ ਅਸ਼ਮੀਤ ਸਿੰਘ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕੀਤੇ ਹਨ। ਇਸ ਮੌਕੇ ਤੇ ਸਕੂਲ ਦੇ ਚੇਅਰਮੈਨ ਸ੍ਰੀ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸ੍ਰੀਮਤੀ ਸੰਗੀਤਾ ਚੋਪੜਾ ਦੁਆਰਾ ਸਕੂਲ ਦੇ ਸਟਾਫ ਮੈਂਬਰਸ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਸਕੂਲ ਦੇ ਸਟਾਫ ਤੇ ਵਿਦਿਆਰਥੀਆਂ ਵੱਲੋਂ ਕੀਤੀ ਗਈ ਮਿਹਨਤ ਦਾ ਫਲ ਹੈ ਕਿ ਅੱਜ ਸਾਡੇ ਵਿਦਿਆਰਥੀ ਵਧੀਆ ਅੰਕ ਨਾਲ ਪਾਸ ਹੋਏ ਹਨ। ਇਸੇ ਤਰ੍ਹਾਂ ਸਕੂਲ ਦੇ ਪ੍ਰਿੰਸੀਪਲ ਸ: ਅਮਰੀਕ ਸਿੰਘ ਮਿਨਹਾਸ ਨੇ ਸਾਰੇ ਅਧਿਆਪਕਾਂ ਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਇਸ ਸ਼ਾਨਦਾਰ ਨਤੀਜੇ ਲਈ ਮੁਬਾਰਕਬਾਦ ਦਿੱਤੀ ਅਤੇ ਬੱਚਿਆਂ ਨੂੰ ਉਹਨਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।




ਯੂਨੀਅਨ ਬੈਂਕ ਆਫ ਇੰਡੀਆ
ਭਾਰਤ ਸਰਕਾਰ ਦਾ ਅਦਾਰਾ
Union Bank of India
A Government of India Undertaking

ਐਸਟ ਰਿਕਵਰੀ ਸ਼ਾਖਾ
ਕਾਲਰਾਜ਼ ਬਿਲਡਿੰਗ, ਪਹਿਲੀ ਮੰਜ਼ਿਲ, ਬੀ-15-295/ਬੀ ਅਤੇ ਬੀ-15-295/ਸੀ, ਨੇੜੇ ਓਸਵਾਲ ਸਟ੍ਰੀਟ, ਮਿਲਰਗੰਜ, ਜੀ.ਟੀ. ਰੋਡ, ਲੁਧਿਆਣਾ-141003, ਮੋਬ: ਨੰ. 83760-02606

ਈ-ਨਿਲਾਮੀ ਦੀ ਮਿਤੀ ਅਤੇ ਸਮਾਂ 13.06.2025 ਨੂੰ ਦੁਪਹਿਰ 12.00 ਵਜੇ ਤੋਂ ਸ਼ਾਮ 05.00 ਵਜੇ ਤੱਕ

ਈ-ਨਿਲਾਮੀ ਵਿਕਰੀ ਸੂਚਨਾ

**ਅਚੱਲ ਸੰਪੱਤੀਆਂ ਦੀ ਵਿਕਰੀ ਲਈ ਵਿਕਰੀ ਸੂਚਨਾ**

**ਈ-ਨਿਲਾਮੀ ਦੀ ਮਿਤੀ ਅਤੇ ਸਮਾਂ 13.06.2025 ਨੂੰ ਦੁਪਹਿਰ 12.00 ਵਜੇ ਤੋਂ ਸ਼ਾਮ 05.00 ਵਜੇ ਦੇ ਵਿਚਾਲੇ (10 ਮਿੰਟ ਦੇ ਅਸੀਮਿਤ ਸਵੈ ਵਾਧਿਆਂ ਸਮੇਤ)**

**ਬਿਆਨਾ ਰਕਮ ਬੋਲੀ ਰੱਖਣ ਤੋਂ ਪਹਿਲਾਂ ਨਿਲਾਮੀ ਦਾ ਸਮਾਂ ਖਤਮ ਹੋਣ ਤੋਂ ਪਹਿਲਾਂ ਸੰਪੱਤੀ ਆਈਡੀ ਸਮੇਤ ਜਮ੍ਹਾਂ ਕੀਤੀ ਜਾਵੇਗੀ ਅਤੇ ਲਿੰਕ/ਮੈਪ ਕੀਤੀ ਜਾਵੇਗੀ।**

**ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 9 ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।** ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ(ਾਂ) ਅਤੇ ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਅਚੱਲ ਸੰਪੱਤੀ, ਜਿਸ ਦਾ ਉਸਾਰੂ/ਸੰਕੇਤਕ/ਭੌਤਿਕ ਕਬਜ਼ਾ ਯੂਨੀਅਨ ਬੈਂਕ ਆਫ ਇੰਡੀਆ/ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ ਸਬੰਧਤ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਤੋਂ ਯੂਨੀਅਨ ਬੈਂਕ ਆਫ ਇੰਡੀਆ/ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਰਕਮ ਦੀ ਵਸੂਲੀ ਦੇ ਲਈ 13.06.2025 ਨੂੰ **"ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ"ਅਧਾਰ 'ਤੇ ਕੀਤੀ ਜਾਵੇਗੀ। ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਸੰਬਧਤ ਸੰਪੱਤੀਆਂ ਦੇ ਅਧੀਨ ਨਿਮਨ ਸਾਰਣੀ ਵਿਚ ਦਰਸਾਏ ਅਨੁਸਾਰ ਹੋਵੇਗੀ। ਆਨਲਾਈਨ ਈ-ਨਿਲਾਮੀ 10 ਮਿੰਟਾਂ ਦੇ ਅਸੀਮਿਤ ਵਾਧੇ ਸਮੇਤ ਉਕਤ ਦਰਸਾਈ ਮਿਤੀ ਅਤੇ ਸਮੇਂ 'ਤੇ ਵੈਬ ਪੋਰਟਲ/ਵੈਬਸਾਈਟ : https://baanknet.com ਰਾਹੀਂ ਆਯੋਜਿਤ ਕੀਤੀ ਜਾਵੇਗੀ।**

| ਲ. ਨੰ. | ਸ਼ਾਖਾ, ਖਾਤਾ, ਕਰਜ਼ਦਾਰ/ਾਂ/ ਜ਼ਾਮਨ/ਾਂ ਆਦਿ ਦੇ ਨਾਮ | ਬਕਾਇਆ ਰਕਮ | ਸੰਪੱਤੀਆਂ ਦੇ ਵੇਰਵੇ | ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ |
|---|---|---|---|---|
| 1. | ਕਰਜ਼ਦਾਰ/ਾਂ: ਮੈਸਰਜ਼ ਮੈਂਗਲ ਸਿੰਘ ਐਂਡ ਸੰਨਜ਼ ਪ੍ਰੋਪ. ਗੁਰਪ੍ਰੀਤ ਸਿੰਘ, ਪਿੰਡ ਵੜਿੰਗ, ਡਾਕਖਾਨਾ ਬਰੀਵਾਲਾ, ਤਹਿਸੀਲ ਅਤੇ ਜ਼ਿਲ੍ਹਾ ਮੁਕਤਸਰ, ਪੰਜਾਬ 152025, ਜ਼ਾਮਨ: ਸ਼੍ਰੀ ਜਗਜੀਤ ਸਿੰਘ ਪੁੱਤਰ ਗੁਰਨਾਮ ਸਿੰਘ, ਨਿਵਾਸੀ ਪਿੰਡ ਅਤੇ ਡਾਕਖਾਨਾ ਡੋਡਾ, ਤਹਿਸੀਲ ਗਿੱਦੜਬਾਹਾ, ਜ਼ਿਲ੍ਹਾ ਮੁਕਤਸਰ, ਪੰਜਾਬ-152031 | Rs. 58,21,088.76 ਜਮ੍ਹਾਂ ਵਿਆਜ | ਲਾਟ 1- ਦੁਕਾਨ ਕਮ ਰਿਹਾਇਸ਼ੀ ਇਮਾਰਤ ਦੇ ਸਾਰੇ ਭਾਗ ਅਤੇ ਹਿੱਸੇ ਜਿਸਦਾ ਮਾਪ 6900 ਵਰਗ ਫੁੱਟ ਕੋਟਕਪੂਰਾ ਰੋਡ, ਪਿੰਡ ਵੜਿੰਗ, ਜ਼ਿਲ੍ਹਾ ਮੁਕਤਸਰ ਸਾਹਿਬ ਵਿਖੇ ਸਥਿਤ ਹੈ ਜਿਸ ਦੀਆਂ ਹੱਦਾਂ ਇਸ ਪ੍ਰਕਾਰ ਹਨ:- ਵਿਕਰੀ ਡੀਡ ਅਨੁਸਾਰ ਹੱਦਬੰਦੀ:- ਉੱਤਰ: ਸੜਕ 40'-0", ਦੱਖਣ: ਦਰਸ਼ਨ ਸਿੰਘ 80'-0", ਪੂਰਬ: ਹਰਚੰਦ ਸਿੰਘ 115'-0", ਪੱਛਮ: ਗਲੀ 115'-0" (**ਕਬਜ਼ਾ ਕਿਸਮ: - ਸੰਕੇਤਕ**) | LOT : 1<br>Rs. 34,00,000/-<br>Rs. 3,40,000/-<br>Rs. 34,000/- |
| | | | **ਲਾਟ 2**- ਜ਼ਿਲ੍ਹਾ ਮੁਕਤਸਰ ਸਾਹਿਬ ਦੇ ਪਿੰਡ ਵੜਿੰਗ, ਕੋਟਕਪੂਰਾ ਰੋਡ ਵਿਖੇ ਸਥਿਤ 5445 ਵਰਗ ਫੁੱਟ ਦੀ ਰਿਹਾਇਸ਼ੀ ਇਮਾਰਤ ਦੇ ਸਾਰੇ ਭਾਗ ਅਤੇ ਹਿੱਸੇ ਜਿਸ ਦੀਆਂ ਹੱਦਾਂ ਇਸ ਪ੍ਰਕਾਰ ਹਨ:- ਵਿਕਰੀ ਡੀਡ ਅਨੁਸਾਰ ਸੀਮਾਵਾਂ:- ਉੱਤਰ: ਹਰਚੰਦ ਸਿੰਘ ਦੀ ਜ਼ਮੀਨ 27'-6", ਦੱਖਣ: ਕੇ.ਕੇ. ਮੁਕਤਸਰ ਰੋਡ 27'-6", ਪੂਰਬ: ਸੁਖਜਿੰਦਰ ਸਿੰਘ 198'-0", ਪੱਛਮ: ਡਾ. ਰੁਮਾਣਾ ਦੇ ਸਾਹਮਣੇ 198'-0" (**ਕਬਜ਼ਾ ਕਿਸਮ: - ਸੰਕੇਤਕ**) | LOT : 2<br>Rs. 13,00,000/-<br>Rs. 1,30,000/-<br>Rs. 13,000/- |
| 2. | ਕਰਜ਼ਦਾਰਾਂ/ਜ਼ਾਮਨਾਂ: 1. ਮੈਸਰਜ਼ ਨੈਨਾ ਦੇਵੀ ਸਟੀਲਜ਼ ਆਪਣੇ ਭਾਈਵਾਲਾਂ ਰਾਹੀਂ: ੳ. ਸ਼੍ਰੀਮਤੀ. ਸ਼ਸ਼ੀ ਬਾਲਾ ਪਤਨੀ ਰਾਮ ਸ਼ਰਨ ਅ. ਸ਼੍ਰੀਮਤੀ ਸ਼ਿਵਾਨੀ ਗਰਗ ਸੁਪਤਨੀ ਰਮਿਤ ਗਰਗ, ਨੇੜੇ ਮਨਸਾ ਦੇਵੀ ਮੰਦਰ, ਪਿੰਡ ਕੱਕੜਵਾਲ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ - 148024, ਜ਼ਾਮਨਾਂ: ੳ) ਸ੍ਰੀ ਰਮਿਤ ਗਰਗ ਸਪੁੱਤਰ ਰਾਮ ਸ਼ਰਨ, ਮਨਸਾ ਦੇਵੀ ਮੰਦਰ ਨੇੜੇ, ਪਿੰਡ ਕੱਕੜਵਾਲ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ-148024, ਅ) ਸ਼੍ਰੀਮਤੀ ਸ਼ਿਵਾਨੀ ਗਰਗ ਪਤਨੀ ਰਮਿਤ ਗਰਗ, ਮਨਸਾ ਦੇਵੀ ਮੰਦਰ ਨੇੜੇ, ਪਿੰਡ ਕੱਕੜਵਾਲ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ-148024, ਇਸ ਤੋਂ ਇਲਾਵਾ: ਮਕਾਨ ਨੰ. 1070, ਸੈਕਟਰ-29 ਬੀ, ਚੰਡੀਗੜ੍ਹ-160030, ੲ) ਸ਼੍ਰੀਮਤੀ ਸ਼ਸ਼ੀ ਬਾਲਾ ਪਤਨੀ ਰਾਮ ਸ਼ਰਨ, ਨੇੜੇ ਮਨਸਾ ਦੇਵੀ ਮੰਦਰ, ਪਿੰਡ ਕੱਕੜਵਾਲ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ-148024 | Rs. 49,47,150/- 23.09.2015 ਦੇ ਅਨੁਸਾਰ ਜਮ੍ਹਾਂ ਵਿਆਜ | ਲਾਟ: 1. ਰਿਹਾਇਸ਼ੀ ਖਾਲੀ ਪਲਾਟ ਦੇ ਸਾਰੇ ਭਾਗ ਅਤੇ ਹਿੱਸੇ 800 ਵਰਗ, ਮਨਸਾ ਦੇਵੀ ਮੰਦਿਰ ਨੇੜੇ, ਪਿੰਡ ਕੱਕੜਵਾਲ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਜਿਸ ਦੀਆਂ ਸੀਮਾਵਾਂ ਹੇਠ ਲਿਖੇ ਅਨੁਸਾਰ ਹਨ: ਉੱਤਰ: ਅਸ਼ਵਨੀ ਕੁਮਾਰ, ਦੱਖਣ: ਅਸ਼ਵਨੀ ਕੁਮਾਰ ਅਤੇ ਗਲੀ, ਪੂਰਬ: ਪ੍ਰਿਥੀ ਚੰਦ, ਪੱਛਮੀ: ਸੀਨਮ। ਕਬਜ਼ੇ ਦੀ ਕਿਸਮ: ਸੰਕੇਤਕ ਕਬਜ਼ਾ। | LOT : 1<br>Rs. 12,00,000/-<br>Rs. 1,20,000/-<br>Rs. 12,000/- |
| | | | ਲਾਟ: 2. ਰਿਹਾਇਸ਼ੀ ਖਾਲੀ ਪਲਾਟ ਦੇ ਸਾਰੇ ਭਾਗ ਅਤੇ ਹਿੱਸੇ 378.33 ਵਰਗ ਗਜ਼। ਮੰਗਲਾ ਫਾਰਮ ਹਾਊਸ ਦੇ ਸਾਹਮਣੇ ਸਥਿਤ, ਨੇੜੇ ਮਨਸਾ ਦੇਵੀ ਮੰਦਿਰ, ਪਿੰਡ ਕੱਕੜਵਾਲ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਦੀਆਂ ਸੀਮਾਵਾਂ ਹੇਠ ਲਿਖੇ ਅਨੁਸਾਰ ਹਨ: ਉੱਤਰ: ਗਲੀ ਅਤੇ ਪੀ/ਓ ਮੰਗਲਾ ਫਾਰਮ ਹਾਊਸ, ਦੱਖਣ: ਸੁਭਾਸ਼ ਦੀ ਖੇਤੀ ਜ਼ਮੀਨ, ਪੂਰਬ: ਖੇਤੀ ਜ਼ਮੀਨ ਸੁਭਾਸ਼ ਵੈਸਟ: ਪੀ/ਓ ਅਤਰ ਚੰਦ। ਕਬਜ਼ੇ ਦੀ ਕਿਸਮ: ਸੰਕੇਤਕ ਕਬਜ਼ਾ। | LOT : 2<br>Rs. 5,00,000/-<br>Rs. 50,000/-<br>Rs. 5,000/- |
| 3. | ਕਰਜ਼ਦਾਰ : ਮੈਸ. ਐਨ. ਐਸ. ਆਇਰਨ ਪ੍ਰੋਪ. ਨਵਨੀਸ਼ ਕੁਮਾਰ, ਸਾਹਮਣੇ, ਬਾਗ ਵਾਲਾ ਗੁਰੂਦੁਆਰਾ ਨੇੜੇ ਪੀਰ ਖਾਨਾ ਸਿਰਸਾ ਰੋਡ, ਮੂਸਾ ਚੁੰਗੀ-ਮਾਨਸਾ, ਪਿੰਨ ਕੋਡ-151505, ਜ਼ਾਮਨ: ਅਸ਼ੋਕ ਕੁਮਾਰ ਪੁੱਤਰ ਸ਼੍ਰੀ ਬਾਬੂ ਰਾਮ ਸਾਹਮਣੇ, ਬਾਗ ਵਾਲਾ ਗੁਰਦੁਆਰਾ ਮੂਸਾ ਚੁੰਗੀ ਨੇੜੇ - ਮਾਨਸਾ, ਪੰਜਾਬ ਪਿੰਨ ਕੋਡ- 151505, 2. ਸ਼੍ਰੀ ਜਿੰਮੀ ਕੁਮਾਰ ਪੁੱਤਰ ਅਸ਼ੋਕ ਕੁਮਾਰ ਸਾਹਮਣੇ, ਬਾਗ ਵਾਲਾ ਗੁਰਦੁਆਰਾ ਨੇੜੇ ਮੂਸਾ ਚੁੰਗੀ- ਮਾਨਸਾ, ਪੰਜਾਬ ਪਿੰਨ ਕੋਡ-151505 | Rs. 31,06,659/- 30.09.2019 ਦੇ ਅਨੁਸਾਰ ਜਮ੍ਹਾਂ ਵਿਆਜ | ਖਸਰਾ ਨੰਬਰ 781 ਮਿੰਨ (0-17.05 ਮਰਲੇ) ਵਿੱਚ 17.05 ਮਰਲੇ ਜ਼ਮੀਨ ਵਿੱਚ ਬਣੇ ਰਿਹਾਇਸ਼ੀ ਮਕਾਨ ਦੇ ਸਾਰੇ ਹਿੱਸੇ ਅਤੇ ਪਾਰਸਲ 38 ਫੁੱਟ * 122 ਫੁੱਟ ਵਿੱਚ ਸਥਿਤ ਹੈ- ਬਾਗ ਵਾਲਾ ਗੁਰਦੁਆਰਾ ਨੇੜੇ ਪੀਰ ਖਾਨਾ ਸਿਰਸਾ ਰੋਡ, ਮੂਸਾ ਚੁੰਗੀ ਮਾਨਸਾ 151505, ਹੱਦਬੰਦੀ ਹੈ: ਪੂਰਬ: 122' ਨਵਨੀਸ਼ ਕੁਮਾਰ, ਪੱਛਮ: 122 ਕੇਵਲ ਕ੍ਰਿਸ਼ਨ, ਉੱਤਰ: 38 ਗਲੀ, ਦੱਖਣ: 38 ਅਸ਼ੋਕ ਕੁਮਾਰ (ਕਬਜ਼ੇ ਦੀ ਕਿਸਮ: ਸੰਕੇਤਕ) | Rs. 36,00,000/-<br>Rs. 3,60,000/-<br>Rs. 36,000/- |
| 4. | ਕਰਜ਼ਦਾਰ : ਮੈਸ. ਓਮ ਨਿਟਵਿਅਰਜ਼ (ਰਾਹੀਂ ਪ੍ਰੋਪ. ਸ੍ਰੀ ਜਗਦੀਪ ਸ਼ਰਮਾ) ਪਤਾ: ਬੀ-1/213/74/ਡੀ/8, ਗਲੀ ਨੰ. 10, ਨਿਊ ਕੁੰਦਨਪੁਰੀ, ਲੁਧਿਆਣਾ, ਪੰਜਾਬ-141001, ਕਰਜ਼ਦਾਰ/ਗਿਰਵੀਕਾਰ: ਸ੍ਰੀ ਜਗਦੀਪ ਸ਼ਰਮਾ ਸਪੁੱਤਰ ਸ੍ਰੀ ਓਮ ਪ੍ਰਕਾਸ਼ ਸ਼ਰਮਾ, ਪਤਾ: ਬੀ-1/213/74/ਡੀ/8, ਗਲੀ ਨੰ. 10, ਨਿਊ ਕੁੰਦਨਪੁਰੀ, ਲੁਧਿਆਣਾ, ਪੰਜਾਬ-141001, ਜ਼ਾਮਨ: ਸ੍ਰੀਮਤੀ ਮਮਤਾ ਸ਼ਰਮਾ, ਪਤਾ: ਬੀ-1/213/74/ਡੀ/8, ਗਲੀ ਨੰ. 10, ਨਿਊ ਕੁੰਦਨਪੁਰੀ, ਲੁਧਿਆਣਾ, ਪੰਜਾਬ-141001 | Rs. 50,64,689.37 31.03.2021 ਦੇ ਅਨੁਸਾਰ ਜਮ੍ਹਾਂ 01.04.2021 ਤੋਂ ਪ੍ਰਭਾਵੀ ਅਗਲੇਰਾ ਵਿਆਜ। | ਸ੍ਰੀ ਜਗਦੀਪ ਸ਼ਰਮਾ ਸਪੁੱਤਰ ਸ੍ਰੀ ਓਮ ਪ੍ਰਕਾਸ਼ ਸ਼ਰਮਾ ਦੀ ਮਲਕੀਅਤ ਵਾਲੀ ਮਾਲੀਆ ਅਸਟੇਟ ਮਹਿਲ ਭਗਤ ਲੁਧਿਆਣਾ ਵਿਖੇ ਸਥਿਤ ਸੰਪੱਤੀ ਨੰ. : ਬੀ-1/213/74/ਡੀ/8, ਗਲੀ ਨੰ. 10, ਨਿਊ ਕੁੰਦਨਪੁਰੀ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਖਸਰਾ ਨੰ. 261, 262, 265, 1620/1315/287, 1621/1315/287, 1316/287, 1617/266, 1613/260, ਖਾਤਾ ਨੰ. 297/324, 328/337-332 ਵਿੱਚ ਸ਼ਾਮਲ ਜਮ੍ਹਾਂਬੰਦੀ ਸਾਲ 2000-10 ਅਨੁਸਾਰ 100 ਵਰਗ ਗਜ਼ ਮਾਪ ਵਾਲੀ ਜ਼ਮੀਨ ਅਤੇ ਬਿਲਡਿੰਗ। ਹੱਦਬੰਦੀ: ਉੱਤਰ: ਗੁਆਂਢੀ ਦੀ ਸੰਪੱਤੀ, ਦੱਖਣ: ਗਲੀ (15'-0" ਚੌੜੀ), ਪੂਰਬ: ਗੁਆਂਢੀ ਦੀ ਮਕਾਨ, ਪੱਛਮ: ਗੁਆਂਢੀ ਦਾ ਮਕਾਨ। ਕਬਜ਼ੇ ਦੀ ਕਿਸਮ: ਸੰਕੇਤਕ। | Rs. 36,60,000/-<br>Rs. 3,60,000/-<br>Rs. 36,000/- |
| 5. | **ਸ੍ਰੀਮਤੀ ਰੇਨੂ** ਸੁਪਤਨੀ ਸ੍ਰੀ ਦੀਪਕ ਵਰਮਾ ਮਕਾਨ ਨੰ. 160-ਏ, ਗੋਲਡਨ ਐਵੇਨਿਊ ਕਲੋਨੀ, ਪਿਛੇ ਮਜੀਦ, ਰਾਹੋਂ ਰੋਡ, ਬਸਤੀ ਜੋਧੇਵਾਲ ਲੁਧਿਆਣਾ 141007 **ਸ੍ਰੀ ਵਿਸ਼ਾਲ ਵਰਮਾ** ਸਪੁੱਤਰ ਸਵ. ਸ੍ਰੀ ਦੀਪਕ ਵਰਮਾ, ਮਕਾਨ ਨੰ. 160-ਏ, ਗੋਲਡਨ ਐਵੇਨਿਊ ਕਲੋਨੀ, ਪਿਛੇ ਮਜੀਦ, ਰਾਹੋਂ ਰੋਡ, ਬਸਤੀ ਜੋਧੇਵਾਲ ਲੁਧਿਆਣਾ 141007 | Rs. 28,95,419.40 30.04.2023 ਦੇ ਅਨੁਸਾਰ ਜਮ੍ਹਾਂ 01.05.2023 ਤੋਂ ਪ੍ਰਭਾਵੀ ਵਿਆਜ | ਟਾਈਟਲ ਡੀਡ ਵਸੀਕਾ ਨੰ. 14572 ਮਿਤੀ 02.11.2017 ਦੇ ਅਧੀਨ ਸ੍ਰੀਮਤੀ ਰੇਣੂ ਸੁਪਤਨੀ ਸਵ. ਸ੍ਰੀ ਦੀਪਕ ਵਰਮਾ ਦੇ ਨਾਮ 'ਤੇ ਜਮ੍ਹਾਂਬੰਦੀ ਸਾਲ 2008-2009 ਅਨੁਸਾਰ ਮਾਲੀਆ ਅਸਟੇਟ ਪਿੰਡ ਤਰਫ ਗਹਿਲੇਵਾਲ, ਅਬਾਦੀ ਗੋਲਡਨ ਐਵੇਨਿਊ, ਬਸਤੀ ਜੋਧੇਵਾਲ, ਲੁਧਿਆਣਾ ਵਿਖੇ ਖਾਤਾ 711/813, 756/857, ਖਸਰਾ ਨੰ. 322, 323, 324, 325, 326, 327, 331, 332, 333, 334, 336, 519/348, 520/348, 521/348/1, 522/348, 1013/619/349, 1014/619/349, 344/1, 345/1, 346/1, 347/1 503/350/1, 504/350/1 ਵਿਚ ਸ਼ਾਮਲ 143 ਵਰਗ ਗਜ਼ ਮਾਪ ਵਾਲੇ ਪਲਾਟ ਨੰ. 160-ਏ, ਐਮਸੀ ਨੰ. ਬੀ0-31-1148-ਸੀਪੀ-160-ਏ 'ਤੇ ਨਿਰਮਿਤ ਇਕ ਮਕਾਨ ਵਾਲੀ ਅਚੱਲ ਸੰਪੱਤੀ। ਹੱਦਬੰਦੀ : ਪੂਰਬ : ਗਲੀ 20' ਚੌੜੀ 20'-08", ਪੱਛਮ : ਗੁਆਂਢੀ 20', ਉੱਤਰ : ਖਾਲੀ ਪਲਾਟ 60'-06", ਦੱਖਣ : ਖਾਲੀ ਪਲਾਟ (64'-00") **ਕਬਜ਼ੇ ਦੀ ਕਿਸਮ- ਸੰਕੇਤਕ** | Rs. 28,50,000/-<br>Rs. 2,85,000/-<br>Rs. 28,500/- |
| 6. | 1.ਮੈਸਰਜ਼ ਐਸ.ਏ.ਇੰਟਰਪ੍ਰਾਈਜਿਜ਼ ਇਸ ਦੇ ਪ੍ਰੋ.ਸੌਰਭ ਗੁਪਤਾ, ਵਾਸੀ 82 ਐਫ ਮੁਹੱਲਾ ਨਰਾਇਣਾ, ਕੱਚੀ ਚਵਾਨੀ, ਜੰਮੂ, ਜ਼ਿਲ੍ਹਾ ਜੰਮੂ। 2. ਸ਼. ਸੌਰਭ ਗੁਪਤਾ, ਵਾਸੀ ਮਕਾਨ ਨੰ. 228, ਮੁਹੱਲਾ ਨਰੈਆਣਾ, ਕੱਚੀ ਚਵਾਨੀ, ਜੰਮੂ, ਜ਼ਿਲ੍ਹਾ। ਜੰਮੂ। | Rs. 42,32,468.98 ਜਮ੍ਹਾਂ ਵਿਆਜ | ਜ਼ਮੀਨ ਦਾ ਮਾਪ 02 ਕਨਾਲ ਜਿਸ ਵਿੱਚ ਖਸਰਾ ਨੰਬਰ 369 ਮਿੰਨ ਖਾਤਾ ਨੰਬਰ 300 ਅਤੇ ਖੇਵਟ ਨੰਬਰ 71 ਮਿੰਨ ਹੈ, ਪਿੰਡ ਲਟੌਰੀ, ਕਟੜਾ ਵਿਖੇ ਸ੍ਰੀ ਸੌਰਭ ਗੁਪਤਾ ਪੁੱਤਰ ਸ਼ੁਕੀਲ ਕੁਮਾਰ ਗੁਪਤਾ ਦੇ ਨਾਮ 'ਤੇ ਸਥਿਤ ਹੈ, ਜਿਸਦੀ ਸੀਮਾ ਹੈ: ਉੱਤਰ: ਅਭਿਸ਼ੇਕ ਗੁਪਤਾ ਦੀ ਖੁੱਲ੍ਹੀ ਜ਼ਮੀਨ, ਦੱਖਣ: ਖੁੱਲ੍ਹੀ ਜ਼ਮੀਨ, ਪੂਰਬ: ਪਹਾੜੀ ਢਲਾਣਾਂ, ਪੱਛਮ: ਸਾਹਮਣੇ ਵਾਲੀ ਸੜਕ, ਕਬਜ਼ੇ ਦੀ ਕਿਸਮ-;ਸੰਕੇਤਕ | Rs. 42,50,000/-<br>Rs. 4,25,000/-<br>Rs. 42,500/- |
| 7. | ਕਰਜ਼ਦਾਰਾਂ/ਜ਼ਾਮਨਾਂ: 1.ਮੈਸਰਜ਼ ਸ਼ੁਕੀਲ ਕੁਮਾਰ ਐਂਡ ਬ੍ਰਦਰਜ਼ ਆਪਣੇ ਪ੍ਰੋਪ. ਸ਼. ਸ਼ੁਕੀਲ ਕੁਮਾਰ ਗੁਪਤਾ, ਵਾਸੀ 82-ਐਫ, ਮੁਹੱਲਾ ਨਰੈਆਣਾ ਕੱਚੀ ਚਵਾਨੀ, ਜੰਮੂ। 2. ਸ਼. ਸ਼ੁਕੀਲ ਕੁਮਾਰ ਗੁਪਤਾ, ਵਾਸੀ ਮਕਾਨ ਨੰ: 228, ਮੁਹੱਲਾ ਨਰੈਆਣਾ ਕੱਚੀ ਚਵਾਨੀ। 3. ਸ਼. ਨਰਦੀਪ ਸਿੰਘ ਜਾਮਵਾਲ ਪੁੱਤਰ ਸ. ਕੇ.ਐਸ. ਜਾਮਵਾਲ, ਵਾਸੀਵਾਰਡ ਨੰ. 7, ਹਰੀ ਨਗਰ, ਨੇੜੇ ਫੂਡ ਐਂਡ ਸਪਲਾਈ ਸਟੋਰ, ਊਧਮਪੁਰ। 4. ਸ਼. ਸੁਮਿਤ ਕੁਮਾਰ ਗੁਪਤਾ ਪੁੱਤਰ ਕੁਲਦੀਪ ਕੁਮਾਰ ਗੁਪਤਾ, ਵਾਸੀ ਮਕਾਨ ਨੰ. 228 ਮੁਹੱਲਾ ਨਰੈਆਣਾ ਕੱਚੀ ਚਵਾਨੀ, ਜੰਮੂ। 5. ਸ਼. ਸੁਨੀਲ ਕੁਮਾਰ ਪੁੱਤਰ ਕੁਲਦੀਪ ਕੁਮਾਰ ਗੁਪਤਾ, ਵਾਸੀ ਮਕਾਨ ਨੰ. 228, ਮੁਹੱਲਾ ਨਰੈਆਣਾ ਕੱਚੀ ਚਵਾਨੀ, ਜੰਮੂ। 6. ਸ਼. ਲਵ ਕੁਮਾਰ ਗੁਪਤਾ ਪੁੱਤਰ ਕੁਲਦੀਪ ਕੁਮਾਰ ਗੁਪਤਾ, ਵਾਸੀ ਮਕਾਨ ਨੰ. 228 ਮੁਹੱਲਾ ਨਰੈਆਣਾ ਕੱਚੀ ਚਵਾਨੀ, ਜੰਮੂ। 7. ਸ਼. ਕੁਸ਼ ਕੁਮਾਰ ਪੁੱਤਰ ਕੁਲਦੀਪ ਕੁਮਾਰ ਗੁਪਤਾ, ਵਾਸੀ ਮਕਾਨ ਨੰ. 228 ਮੁਹੱਲਾ ਨਰੈਆਣਾ ਕੱਚੀ ਚਵਾਨੀ, ਜੰਮੂ। | Rs. 1,09,18,421.19 ਜਮ੍ਹਾਂ ਵਿਆਜ | ਲਾਟ-1: ਖਸਰਾ ਨੰਬਰ 240 ਮਿੰਨ (01 ਕਨਾਲ 02 ਮਰਲੇ) ਅਤੇ ਖਸਰਾ ਨੰਬਰ 245 ਮਿੰਨ (01 ਕਨਾਲ 15 ਮਰਲੇ) ਦੇ ਹੇਠਾਂ 2 ਕਨਾਲ 17 ਮਰਲੇ ਦੀ ਪਲਾਟ ਜ਼ਮੀਨ, ਖਾਤਾ ਨੰਬਰ 471, ਖੇਵਟ ਨੰਬਰ 85/12 ਮਿੰਨ, ਬਟਲ, ਤਹਿਸੀਲ ਊਧਮਪੁਰ ਵਿਖੇ ਸ੍ਰੀ ਨਰਦੀਪ ਸਿੰਘ ਦੇ ਨਾਮ 'ਤੇ ਸਥਿਤ ਹੈ, ਜੋ ਮੇਨ ਨੈਸ਼ਨਲ ਹਾਈਵੇ 'ਤੇ ਭੀਮ ਸਿੰਘ ਕਾਲਜ ਆਫ਼ ਐਜੂਕੇਸ਼ਨ ਦੇ ਨੇੜੇ ਮੇਨ ਨੈਸ਼ਨਲ ਹਾਈਵੇ 'ਤੇ ਸਥਿਤ ਹੈ। ਕਬਜ਼ੇ ਦੀ ਕਿਸਮ-ਸੰਕੇਤਕ | LOT : 1<br>Rs. 66,00,000/-<br>Rs. 6,60,000/-<br>Rs. 66,000/- |
| | | | ਲਾਟ: 2. ਤਿੰਨ ਮੰਜ਼ਿਲਾ ਵਪਾਰਕ ਇਮਾਰਤ ਜਿਸਦੀ ਗਰਾਊਂਡ ਫਲੋਰ 'ਤੇ 2 ਦੁਕਾਨਾਂ ਹਨ ਜਿਨ੍ਹਾਂ ਦੀ ਕੁੱਲ ਲੰਬਾਈ 17 ਅਤੇ 1/2 ਹੈ, ਜਿਸ ਵਿੱਚ ਖਸਰਾ ਨੰਬਰ 178 ਮਿਨ (13-1/2 ਮਰਲੇ) ਖਾਤਾ ਨੰਬਰ 123/185 ਮਿਨ ਅਤੇ ਖੇਵਟ ਨੰਬਰ 18 ਹੈ, ਜੋ ਕਿ ਸੈਰ, ਤਹਿਸੀਲ ਕਾਲਾਕੋਟ ਵਿਖੇ ਸਥਿਤ ਹੈ ਅਤੇ ਖਸਰਾ ਨੰਬਰ 178 ਮਿਨ (ਮਰਲੇ), ਖਾਤਾ ਨੰਬਰ 123/125 ਅਤੇ ਖੇਵਟ ਨੰਬਰ 18 ਹੈ, ਜੋ ਕਿ ਸੈਰ, ਤਹਿਸੀਲ ਕਾਲਾਕੋਟ, ਰਾਜੌਰੀ ਵਿਖੇ ਸ੍ਰੀ ਸੁਮਿਤ ਗੁਪਤਾ, ਸ੍ਰੀ ਲਵ ਗੁਪਤਾ, ਸ੍ਰੀ ਸੁਨੀਲ ਗੁਪਤਾ ਅਤੇ ਸ੍ਰੀ ਕੁਸ਼ ਗੁਪਤਾ ਦੇ ਨਾਮ 'ਤੇ ਸਥਿਤ ਹੈ। **ਕਬਜ਼ਾ ਕਿਸਮ-ਸੰਕੇਤਕ** | LOT : 2<br>Rs. 61,00,000/-<br>Rs. 6,10,000/-<br>Rs. 61,000/- |
| 8. | **ਸ਼੍ਰੀ. ਤਲਵਿੰਦਰ ਸਿੰਘ ਪੁੱਤਰ ਸ਼੍ਰੀ ਮਨਜਿੰਦਰ ਸਿੰਘ**, ਗਲੀ ਨੰ- 12ਏ, ਮੁਹੱਲਾ-ਦਸ਼ਮੇਸ਼ ਨਗਰ (ਖਵਾਸਪੁਰ), ਹੁਸ਼ਿਆਰਪੁਰ ਪੰਜਾਬ, 2. : ਸ਼੍ਰੀ ਪਰਮਿੰਦਰ ਸਿੰਘ ਪੁੱਤਰ ਸ਼੍ਰੀ ਮਨਜਿੰਦਰ ਸਿੰਘ, ਗਲੀ ਨੰ- 12ਏ, ਮੁਹੱਲਾ-ਦਸ਼ਮੇਸ਼ ਨਗਰ (ਖਵਾਸਪੁਰ) ਹੁਸ਼ਿਆਰਪੁਰ, ਪੰਜਾਬ। | Rs. 20,70,596.70 ਜਮ੍ਹਾਂ ਵਿਆਜ | ਖੇਵਟ ਨੰ: 333/387, ਖਸਰਾ ਨੰ: 13//20/2 (6-6), ਖਵਾਸਪੁਰ, ਹੁਸ਼ਿਆਰਪੁਰ ਵਿਖੇ ਸਥਿਤ 2 ਮਰਲੇ 266 ਵਰਗ ਫੁੱਟ ਦੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ। ਇਸਦੀ ਹੱਦਬੰਦੀ: ਉੱਤਰ ਵੱਲ: ਮੋਹਿਨੀ (45'), ਦੱਖਣ ਵੱਲ: ਪ੍ਰੇਮ ਪ੍ਰਕਾਸ਼ (45'), ਪੂਰਬ ਵੱਲ: ਰਸਤਾ (18'), ਪੱਛਮ ਵੱਲ: ਕੁਲਵਿੰਦਰ ਸਿੰਘ (18') (**ਕਬਜ਼ੇ ਦੀ ਕਿਸਮ: ਸੰਕੇਤਕ**) | Rs. 17,50,000/-<br>Rs. 1,75,000/-<br>Rs. 17,500/- |
| 9. | **ਕਰਜ਼ਦਾਰ/ਗਿਰਵੀਕਾਰ/ਜ਼ਾਮਨ : 1. : ਮੈਸ. ਵੀ ਓ ਮੱਗੋ ਹੌਜਰੀ** (ਰਾਹੀ ਪ੍ਰੋਪ. ਸ੍ਰੀ ਸੰਜੇ ਮੱਗੋ ਸਪੁੱਤਰ ਸ੍ਰੀ ਓਮ ਪ੍ਰਕਾਸ਼) ਮਕਾਨ ਨੰ. ਬੀ-9-434, ਮੁਹੱਲਾ ਬਜਾਰੀਆਂ, ਚੌੜੀ ਸੜਕ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਪਿਨ 141008, 2. ਸ੍ਰੀ ਸੰਜੇ ਮੱਗੋ ਸਪੁੱਤਰ ਸ੍ਰੀ ਓਮ ਪ੍ਰਕਾਸ਼ (ਕਰਜ਼ਦਾਰ) ਮਕਾਨ ਨੰ. ਬੀ-9-434, ਮੁਹੱਲਾ ਬਜਾਰੀਆਂ, ਚੌੜੀ ਸੜਕ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਪਿਨ 141008, 3. ਸ੍ਰੀਮਤੀ ਕਵਿਤਾ ਰਾਣੀ ਸਪੁਤਨੀ ਸ੍ਰੀ ਸੰਜੇ ਮੱਗੋ (ਜ਼ਾਮਨ/ਗਿਰਵੀਕਾਰ) ਮਕਾਨ ਨੰ. ਬੀ-9-434, ਮੁਹੱਲਾ ਬਜਾਰੀਆਂ, ਚੌੜੀ ਸੜਕ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਪਿਨ 141008 | Rs. 44,79,266.93 30.06.2023 ਦੇ ਅਨੁਸਾਰ, 01.07.2023 ਤੋਂ ਪ੍ਰਭਾਵੀ ਅਗਲੇਰੇ ਵਿਆਜ ਸਮੇਤ | 1. ਵਿਕਰੀ ਡੀਡ ਵਸੀਕਾ ਨੰਬਰ 26265 ਮਿਤੀ 11.03.1998 ਦੇ ਅਧੀਨ ਸ੍ਰੀਮਤੀ ਕਵਿਤਾ ਰਾਣੀ ਸੁਪਤਨੀ ਸ੍ਰੀ ਸੰਜੇ ਮੱਗੋ ਦੇ ਨਾਮ 'ਤੇ ਵਿਕਰੀ ਡੀਡ ਵਸੀਕਾ ਨੰਬਰ 16442 ਮਿਤੀ 16.02.2004 50 ਵਰਗ ਗਜ ਦੇ ਅਧੀਨ ਸ੍ਰੀ ਸੰਜੇ ਮੱਗੋ ਸਪੁੱਤਰ ਓਮ ਪ੍ਰਕਾਸ਼ ਦੇ ਨਾਮ 'ਤੇ 50 ਵਰਗ ਗਜ਼, ਮੁਹੱਲਾ ਬਜਰੀਆਂ, ਨੇੜੇ ਗੁਲਚਮਨ ਗਲੀ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਐਮਸੀ ਨੰ. ਬੀ-9-434 ਦੇ ਅਧੀਨ ਅਚੱਲ ਸੰਪੱਤੀ ਭਾਵ ਮਕਾਨ। ਹੱਦਾਂ : ਪੂਰਬ : ਸੋਮਨਾਥ ਮਾਪ 11'-6" ਅੰਦਰੂਨੀ ਕਰਵ 17'-3" ਬਾਹਰੀ ਕਰਵ 11'-6" ਅਮਰਜੀਤ ਸਿੰਘ, ਪੱਛਮ : ਰਾਣੀ ਅਤੇ ਸੁਦੇਸ਼ ਦਾ ਮਕਾਨ ਮਾਪ 28'-6", ਉਤਰ : ਗੁਆਂਢੀ ਮਾਪ 31' ਅੰਦਰੂਨੀ ਕਰਵ 6'-9"+22'-6" ਬੰਦ ਗਲੀ, ਦੱਖਣ : ਗੁਆਂਢੀ ਮਾਪ 26' ਅੰਦਰੂਨੀ ਕਰਵ 7'-3"+5' ਬੰਦ ਗਲੀ+5'-3" ਅਮਰਜੀਤ ਸਿੰਘ। ਪੂਰਬ : ਸੋਮਨਾਥ ਮਾਪ 20'-3", **ਕਬਜ਼ੇ ਦੀ ਕਿਸਮ : ਸੰਕੇਤਕ**<br>2. ਵਿਕਰੀ ਡੀਡ ਵਸੀਕਾ ਨੰਬਰ 24876 ਮਿਤੀ 23.02.1998 ਦੇ ਅਧੀਨ ਸ੍ਰੀਮਤੀ ਕਵਿਤਾ ਰਾਣੀ ਸੁਪਤਨੀ ਸ੍ਰੀ ਸੰਜੇ ਮੱਗੋ ਦੇ ਨਾਮ 'ਤੇ ਵਿਕਰੀ ਡੀਡ ਵਸੀਕਾ ਨੰਬਰ 16444 ਮਿਤੀ 16.02.2004 25 ਵਰਗ ਗਜ਼ ਦੇ ਅਧੀਨ ਸ੍ਰੀ ਸੰਜੇ ਮੱਗੋ ਸਪੁੱਤਰ ਓਮ ਪ੍ਰਕਾਸ਼ ਦੇ ਨਾਮ 'ਤੇ 25 ਵਰਗ ਗਜ਼, ਮੁਹੱਲਾ ਬਜਰੀਆਂ, ਨੇੜੇ ਗੁਲਚਰਨ ਗਲੀ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਐਮਸੀ ਨੰ. ਬੀ-9-433/3 ਦੇ ਅਧੀਨ ਅਚੱਲ ਸੰਪੱਤੀ ਭਾਵ ਮਕਾਨ। ਹੱਦਾਂ : ਪੂਰਬ : ਸੋਮਨਾਥ ਮਾਪ 11'-6" ਅੰਦਰੂਨੀ ਕਰਵ 17'-3" ਬਾਹਰੀ ਕਰਵ 11'-6" ਅਮਰਜੀਤ ਸਿੰਘ, ਪੱਛਮ : ਰਾਣੀ ਅਤੇ ਸੁਦੇਸ਼ ਦਾ ਮਕਾਨ ਮਾਪ 28'-6", ਉਤਰ : ਗੁਆਂਢੀ ਮਾਪ 31' ਅੰਦਰੂਨੀ ਕਰਵ 6'-9"+22'-6" ਬੰਦ ਗਲੀ, ਦੱਖਣ : ਗੁਆਂਢੀ ਮਾਪ 26' ਅੰਦਰੂਨੀ ਕਰਵ 7'-3"+5' ਬੰਦ ਗਲੀ+5'-3" ਅਮਰਜੀਤ ਸਿੰਘ। ਪੂਰਬ : ਸੋਮਨਾਥ ਮਾਪ 20'-3", ਪੱਛਮ : ਰਸਤਾ 07' 03"+ ਅੰਦਰੂਨੀ ਕਰਵ 5'+5'-3" ਅਤੇ ਰਾਜ ਕੌਰ ਆਦਿ, ਉਤਰ : ਰਾਜ ਕੌਰ 20'-3", ਦੱਖਣ : ਗਲੀ 20'-3"+ ਅੰਦਰੂਨੀ ਕਰਵ 5'-3" ਰੌਸ਼ਨ ਲਾਲ। **ਕਬਜ਼ੇ ਦੀ ਕਿਸਮ : ਸੰਕੇਤਕ** | Rs. 51,00,000/-<br>Rs. 5,10,000/-<br>Rs. 51,000/- |
| 10. | 1. ਮੈਸਰਜ਼ ਏ ਐਂਡ ਏ ਬ੍ਰਦਰਜ਼ ਪ੍ਰੋ. ਸ਼੍ਰੀ ਅੰਮ੍ਰਿਤਪਾਲ ਸਿੰਘ ਪੁੱਤਰ ਸ਼੍ਰੀ ਕਿਰਪਾਲ ਸਿੰਘ, ਐਸਸੀਓ ਨੰਬਰ 34, 39 ਵੈਸਟ ਸੈਕਟਰ 122, ਐਸਏਐਸ ਨਗਰ, ਮੋਹਾਲੀ। ਇਸ ਤੋਂ ਇਲਾਵਾ ਪਲਾਟ ਨੰਬਰ ਐਫ-391, ਫੇਜ਼ VIII-ਬੀ, ਇੰਡਸਟਰੀਅਲ ਫੋਕਲ ਪੁਆਇੰਟ, ਐਸਏਐਸ ਨਗਰ, ਮੋਹਾਲੀ (ਪੰਜਾਬ) 160055। 2. ਸ਼੍ਰੀਮਤੀ ਗੁਰਪ੍ਰੀਤ ਕੌਰ ਪਤਨੀ ਸ਼੍ਰੀ ਅੰਮ੍ਰਿਤਪਾਲ ਸਿੰਘ, ਫਲੈਟ ਨੰਬਰ 22, 6ਵੀਂ ਮੰਜ਼ਿਲ, ਐਡਵੋਕੇਟਸ ਸੋਸਾਇਟੀ, ਸੈਕਟਰ 76, ਮੋਹਾਲੀ (ਪੰਜਾਬ)-160071। ਇਸ ਤੋਂ ਇਲਾਵਾ ਪਤਾ: ਮਕਾਨ ਨੰਬਰ 819, ਫੇਜ਼-6, ਐਸਏਐਸ ਨਗਰ, ਮੋਹਾਲੀ (ਪੰਜਾਬ)-160055. 3. ਸ਼੍ਰੀ ਅੰਮ੍ਰਿਤਪਾਲ ਸਿੰਘ ਪੁੱਤਰ ਸ਼੍ਰੀ ਕਿਰਪਾਲ ਸਿੰਘ, ਫਲੈਟ ਨੰਬਰ 22, 6ਵੀਂ ਮੰਜ਼ਿਲ, ਐਡਵੋਕੇਟਸ ਸੋਸਾਇਟੀ, ਸੈਕਟਰ 76, ਮੋਹਾਲੀ (ਪੰਜਾਬ)-160071। ਇਸ ਤੋਂ ਇਲਾਵਾ ਪਤਾ: ਮਕਾਨ ਨੰਬਰ 819, ਫੇਜ਼-6, ਐਸਏਐਸ ਨਗਰ, ਮੋਹਾਲੀ (ਪੰਜਾਬ)-160055। | Rs. 37,16,226.05 30.11.2023 ਦੇ ਅਨੁਸਾਰ ਜਮ੍ਹਾਂ ਵਿਆਜ | ਵਪਾਰਕ SCO ਬੇਰਿੰਗ ਨੰਬਰ 34, 121 ਵਰਗ ਗਜ਼ ਮਾਪਣ ਵਾਲਾ, "39 ਪੱਛਮੀ" ਸੈਕਟਰ 122, SAS ਨਗਰ, ਮੋਹਾਲੀ, ਤਹਿਸੀਲ ਅਤੇ ਜ਼ਿਲ੍ਹਾ ਮੋਹਾਲੀ (ਪੰਜਾਬ) ਵਿੱਚ ਅੰਮ੍ਰਿਤਪਾਲ ਸਿੰਘ ਪੁੱਤਰ ਸ਼੍ਰੀ ਕਿਰਪਾਲ ਸਿੰਘ ਦੇ ਨਾਮ 'ਤੇ ਸਥਿਤ। ਪੂਰਬ: ਪਾਰਕਿੰਗ, ਪੱਛਮ: ਸੜਕ, ਉੱਤਰ: SCO 33, ਦੱਖਣ: SCO 35 ਨਾਲ ਘਿਰਿਆ ਹੋਇਆ। ਕਬਜ਼ੇ ਦੀ ਕਿਸਮ: ਸੰਕੇਤਕ | Rs. 47,00,000/-<br>Rs. 4,70,000/-<br>Rs. 47,000/- |
| 11. | **ਮੈਸ. ਬੀ.ਐਸ. ਇੰਜੀਨੀਅਰਜ਼ (ਰਾਹੀਂ ਇਸਦੇ ਪ੍ਰੋਪ. ਸ੍ਰੀ ਬਲਜਿੰਦਰ ਸਿੰਘ)** ਸੀ-26, ਪ੍ਰੀਮੀਅਰ ਕੰਪਲੈਕਸ, ਭੋਲਾਪੁਰ, ਤਹਿਸੀਲ ਸਾਹਨੇਵਾਲ, ਜ਼ਿਲ੍ਹਾ ਲੁਧਿਆਣਾ, ਪੰਜਾਬ-141123, **ਸ੍ਰੀ ਬਲਜਿੰਦਰ ਸਿੰਘ ਸਪੁੱਤਰ ਗੁਰਦੇਵ ਸਿੰਘ**, ਪਿੰਡ ਲਾਪੜਾਂ, ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ-141123, **ਜ਼ਾਮਨਾਂ/ਸਹਿ ਬਿਨੈਕਾਰ: ਸ੍ਰੀਮਤੀ ਰਜਿੰਦਰ ਕੌਰ ਸੁਪਤਨੀ ਸ੍ਰੀ ਬਲਜਿੰਦਰ ਸਿੰਘ**, ਪਿੰਡ ਲਾਪੜਾਂ, ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ-141123, | Rs. 41,00,496.27 31.05.2023 ਦੇ ਅਨੁਸਾਰ ਜਮ੍ਹਾਂ ਵਿਆਜ | ਵਿਕਰੀ ਡੀਡ ਨੰ. 2019-20/102/1/4538 ਮਿਤੀ 08.01.2020 ਅਧੀਨ ਸ੍ਰੀ ਬਲਜਿੰਦਰ ਸਿੰਘ ਸਪੁੱਤਰ ਸ੍ਰੀ ਗੁਰਦੇਵ ਸਿੰਘ ਦੇ ਨਾਮ 'ਤੇ ਜਮ੍ਹਾਂਬੰਦੀ ਸਾਲ 2015-16 ਅਨੁਸਾਰ ਪਿੰਡ ਭੋਲਾਪੁਰ ਵਿਖੇ ਖਾਤਾ ਨੰ. 129/181, 138/160, ਖਸਰਾ ਨੰ. 45//3, 4, 7, 8, 13, 14/1, 14/2, 15/1 ਅਧੀਨ ਹੱਦਬਸਤ ਨੰ. 238, ਪਿੰਡ ਭੋਲਾਪੁਰ, ਲੁਧਿਆਣਾ, ਪੰਜਾਬ-141123 ਵਿਖੇ ਪਲਾਟ ਨੰ. ਸੀ-26, ਪ੍ਰੀਮੀਅਰ ਕੰਪਲੈਕਸ ਵਿਖੇ 200 ਵਰਗ ਗਜ਼ ਮਾਪ ਵਾਲੀ ਰਿਹਾਇਸ਼ੀ ਜ਼ਮੀਨ ਅਤੇ ਬਿਲਡਿੰਗ ਦੀ ਈਐਮਜੀ। **ਹੱਦਬੰਦੀ: ਪੂਰਬ:** ਸੜਕ 20 ਫੁੱਟ ਚੌੜੀ (40 ਫੁੱਟ), **ਪੱਛਮ:** ਮਕਾਨ 40 ਫੁੱਟ, **ਉੱਤਰ:** ਮਕਾਨ 45 ਫੁੱਟ, **ਦੱਖਣ:** ਪਲਾਟ ਸਮੇਤ ਬਾਊਂਡਰੀ ਵਾਲ 45 ਫੁੱਟ। **ਕਬਜ਼ੇ ਦੀ ਕਿਸਮ: ਸੰਕੇਤਕ।** | Rs. 22,00,000/-<br>Rs. 2,20,000/-<br>Rs. 22,000/- |
| 12. | ਕਰਜ਼ਦਾਰ: a) ਮੈਸ. ਡਰੀਮ ਐਂਡ ਪ੍ਰੋਸਪਰਿਟੀ ਹੋਟਲ ਅਤੇ ਰੈਸਟੋਰੈਂਟ ਪ੍ਰਤੀਨਿਧੀ ਪ੍ਰੋਪ ਮਿਸਟਰ ਰਾਹੁਲ ਚੌਹਾਨ (ਮ੍ਰਿਤਕ) ਆਪਣੇ ਕਾਨੂੰਨੀ ਵਾਰਸਾਂ ਰਾਹੀਂ: (i) ਸ੍ਰੀ ਦਿਨੇਸ਼ ਕੁਮਾਰ (ਪਿਤਾ) (ii) ਸ਼੍ਰੀਮਤੀ ਸੁਨੀਤਾ ਦੇਵੀ (ਮਾਂ)। (iii) ਸ਼੍ਰੀਮਤੀ ਸਪਨਾ ਚੌਹਾਨ (ਪਤਨੀ) ਅਤੇ ਸਾਰੇ ਅਣਪਛਾਤੇ ਕਾਨੂੰਨੀ ਵਾਰਸ, ਸਾਰੇ ਵਾਸੀ ਪਿੰਡ ਭਦਵਾੜਾ ਤਹਿਸੀਲ ਫਤਿਹਪੁਰ, ਕਾਂਗੜਾ, ਹਿਮਾਚਲ ਪ੍ਰਦੇਸ਼ 176053 ਆਪਣੇ ਕਾਨੂੰਨੀ ਵਾਰਸ ਪਿੰਡ ਭਦਵਾੜਾ, ਤਹਿਸੀਲ ਫਤਿਹਪੁਰ, ਕਾਂਗੜਾ, ਹਿਮਾਚਲ ਪ੍ਰਦੇਸ਼ 176053. ਸਹਿ ਬਿਨੈਕਾਰ/ਗਿਰਵੀਕਾਰ ਦਿਨੇਸ਼ ਕੁਮਾਰ ਪੁੱਤਰ ਸਵਰਗੀ ਸ੍ਰੀ ਮੋਹਨ ਲਾਲ, ਪਿੰਡ ਭਦਵਾੜਾ, ਤਹਿਸੀਲ ਫਤਿਹਪੁਰ, ਕਾਂਗੜਾ, ਹਿਮਾਚਲ ਪ੍ਰਦੇਸ਼ 176053। ਜ਼ਾਮਨ: ਜਸਬੀਰ ਸਿੰਘ ਪੁੱਤਰ ਨਰਿੰਦਰ, ਵਾਰਡ ਨੰਬਰ 5, ਪਿੰਡ ਅਤੇ ਡਾਕਖਾਨਾ ਥਥਲ, ਤਹਿਸੀਲ ਅੰਬ, ਜ਼ਿਲ੍ਹਾ ਊਨਾ, ਹਿਮਾਚਲ ਪ੍ਰਦੇਸ਼, 177211 | Rs. 66,03,699/- 23.06.2021 ਨੂੰ ਜਮ੍ਹਾਂ ਵਿਆਜ | 253 ਵਰਗ ਮੀਟਰ ਦੀ ਵਪਾਰਕ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸ ਖੇਵਟ/ਖਤੌਨੀ ਨੰਬਰ 81 ਮਿਨ/135 ਮਿਨ ਵਿੱਚ ਸ਼ਾਮਲ ਹੈ ਅਤੇ ਖਸਰਾ ਨੰਬਰ 684 ਕਿੱਟ 1 ਮਾਪ 0-01-70 ਹੈਕਟੇਅਰ ਅਤੇ ਖੇਵਟ/ਖਤੌਨੀ ਨੰਬਰ 81 ਮਿਨ/135 ਮਿਨ ਖਸਰਾ ਨੰਬਰ 685/2/2 ਮਾਪ 0-04-32 ਇਸ ਵਿੱਚੋਂ 0-00-83 ਹੈਕਟੇਅਰ ਪਿੰਡ ਬਧਵਾੜਾ ਮੌਜਾ ਸੁਨੇਤ, ਤਹਿਸੀਲ ਫਤਿਹਪੁਰ, ਜ਼ਿਲ੍ਹਾ ਕਾਂਗੜਾ ਵਿੱਚ ਹੈ (ਸ੍ਰੀ ਰਾਹੁਲ ਚੌਹਾਨ ਪੁੱਤਰ ਦਿਨੇਸ਼ ਕੁਮਾਰ ਦੇ ਨਾਮ 'ਤੇ ਖਸਰਾ ਨੰਬਰ 684 ਵਿੱਚ ਜਾਇਦਾਦ ਅਤੇ ਸ੍ਰੀ ਦਿਨੇਸ਼ ਕੁਮਾਰ ਪੁੱਤਰ ਮੋਹਨ ਲਾਲ ਦੇ ਨਾਮ 'ਤੇ ਖਸਰਾ ਨੰਬਰ 685/2/2 ਵਿੱਚ ਜਾਇਦਾਦ)। ਹੱਦਬੰਦੀ ਹਨ: ਉੱਤਰ- ਸਰਕਾਰੀ ਜ਼ਮੀਨ, ਦੱਖਣ- ਸਥਾਨਕ ਸ਼ਿਵ ਰਾਮ ਚੌਧਰੀ, ਪੂਰਬ- ਸਥਾਨਕ ਤਾਰਾ ਸਿੰਘ, ਪੱਛਮ- ਨੂਰਪੁਰ ਤੋਂ ਤਲਵਾੜਾ ਰੋਡ। ਕਬਜ਼ੇ ਦੀ ਕਿਸਮ: ਸੰਕੇਤਕ | Rs. 48,00,000/-<br>Rs. 4,80,000/-<br>Rs. 48,000/- |
| 13. | 1. ਮੈਸਰਜ਼ ਹੰਸ ਰਾਜ ਐਂਡ ਸੰਨਜ਼ ਪ੍ਰੋਪ ਸ੍ਰੀ ਹਰਦਿਆਲ ਸਿੰਘ, ਅਨਾਜ ਮੰਡੀ ਦੇ ਨੇੜੇ, ਮੰਡੀ ਬਰੀਵਾਲਾ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, 2. ਸ੍ਰੀ ਹਰਦਿਆਲ ਸਿੰਘ ਪੁੱਤਰ ਸ੍ਰੀ ਹੰਸ ਰਾਜ, ਵਾਰਡ ਨੰ: 5, ਛੋਟੇ ਗੁਰਦੁਆਰਾ ਵਾਲੀ ਗਲੀ, ਮੰਡੀ ਬਰੀਵਾਲਾ, ਜ਼ਿਲ੍ਹਾ ਮੁਕਤਸਰ ਸਾਹਿਬ, ਜ਼ਾਮਨ: ਸ੍ਰੀ ਵਰੁਣ ਕੁਮਾਰ ਗਰਗ ਪੁੱਤਰ ਸ੍ਰੀ ਅਰੁਣ ਕੁਮਾਰ ਗਰਗ, ਦੁਕਾਨ ਨੰ: 146, ਨਵੀਂ ਅਨਾਜ ਮੰਡੀ, ਜ਼ਿਲ੍ਹਾ ਮੁਕਤਸਰ | Rs. 26,34,154.45 ਜਮ੍ਹਾਂ ਵਿਆਜ | 4160 ਵਰਗ ਫੁੱਟ ਖੇਵਟ ਨੰ.493, ਖਤੌਨੀ ਨੰ.739, ਖਸਰਾ ਨੰ.474/1(0-13) 474/3(0-2) ਦੀ ਰਿਹਾਇਸ਼ੀ ਇਮਾਰਤ ਦਾ ਸਾਰਾ ਹਿੱਸਾ, ਜਮ੍ਹਾਂਬੰਦੀ 1984-85 ਦੇ ਅਨੁਸਾਰ, ਵਾਰਡ ਨੰ. 5, ਪਿਛਲੇ ਪਾਸੇ ਅਨਾਜ ਮੰਡੀ, ਮੰਡੀ ਬਰੀਵਾਲਾ, ਜ਼ਿਲ੍ਹਾ ਮੁਕਤਸਰ ਸਾਹਿਬ ਵਿਖੇ ਸਥਿਤ। ਵਿਕਰੀ ਡੀਡ ਅਨੁਸਾਰ ਹੱਦਬੰਦੀ:- ਪੂਰਬ: ਗਲੀ 10'-0" ਚੌੜੀ 80'-0", ਪੱਛਮ: ਓਮ ਪ੍ਰਕਾਸ਼ 49'-0", ਉੱਤਰ: ਸੁਰਜੀਤ ਸਿੰਘ 69'-0", ਦੱਖਣ: ਮੋਹਨ ਲਾਲ 60'-0" (**ਕਬਜ਼ੇ ਦੀ ਕਿਸਮ: - ਸੰਕੇਤਕ**) | Rs. 9,50,000/-<br>Rs. 95,000/-<br>Rs. 9,500/- |
| 14. | **ਮੈਸ. ਜੇਐਸ ਕਾਲੜਾ ਰਾਈਸ ਮਿੱਲਜ਼ ਦੇ ਪ੍ਰਤੀਨਿਧੀ ਇਸਦੇ ਭਾਈਵਾਲਾਂ ਸ੍ਰੀ ਬਲਰਾਜ ਸਿੰਘ ਅਤੇ ਸ੍ਰੀ ਅਵਤਾਰ ਸਿੰਘ** ਪਿੰਡ ਚੌਹਾਨ, ਬਲਾਕ ਆਦਮਪੁਰ, ਜਲੰਧਰ ਵਿਖੇ ਸਥਿਤ, ਜ਼ਾਮਨਾਂ: 1. ਸ੍ਰੀ ਬਲਰਾਜ ਸਿੰਘ ਕਾਲੜਾ ਪੁੱਤਰ ਸ੍ਰੀ ਗੁਰਦਿਆਲ ਸਿੰਘ ਪਿੰਡ ਚੌਹਾਨ, ਬਲਾਕ ਆਦਮਪੁਰ, ਜਲੰਧਰ, ਸ੍ਰੀ ਅਵਤਾਰ ਸਿੰਘ ਪੁੱਤਰ ਸ੍ਰੀ ਜਰਨੈਲ ਸਿੰਘ ਵਾਸੀ ਪਿੰਡ ਚੌਹਾਨ, ਬਲਾਕ ਆਦਮਪੁਰ, ਜਲੰਧਰ | Rs. 6,93,24,511.80 ਜਮ੍ਹਾਂ ਵਿਆਜ | ਪਲਾਂਟ ਅਤੇ ਮਸ਼ੀਨਰੀ ਦੇ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਪਿੰਡ ਚੌਹਾਨ, ਤਹਿਸੀਲ ਜਲੰਧਰ ਵਿਖੇ ਸਥਿਤ 58 ਕਨਾਲ 10 ਮਰਲੇ ਦੀ ਜ਼ਮੀਨ (7 ਹਜ਼ਾਰ 17 ਮੀਟਰ ਦੀ ਜ਼ਮੀਨ ਸਮੇਤ ਜਿੱਥੇ ਇਮਾਰਤ ਬਣਾਈ ਗਈ ਹੈ) ਪਿੰਡ ਚੌਹਾਨ, ਡਾਕਘਰ ਆਦਮਪੁਰ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਵਿਖੇ ਸਥਿਤ ਹੈ, ਪੂਰੀ ਤਰ੍ਹਾਂ ਵੇਰਵੇ ਹੇਠ ਲਿਖੇ ਅਨੁਸਾਰ ਹਨ: -<br>a) 9 ਕਨਾਲ 2 ਮਰਲੇ ਜ਼ਮੀਨ, ਖਸਰਾ ਨੰਬਰ 1//16/2 (2-18), 16/3 (0-5), 1//17/1 (2-8), 24/2 (2-8), 25 (8-0), 2/20/3 (0-9), 3/13/3 (0-9), 4/4/1 (5-12), 4/7/1 (4-16), 50 (1-1), 3/10 (8-0) ਵਿੱਚ ਸ਼ਾਮਲ 36 ਕਨਾਲ 6 ਮਰਲੇ ਜ਼ਮੀਨ ਵਿੱਚੋਂ 1/4 ਹਿੱਸਾ ਹੈ।<br>b) 23 ਕਨਾਲ 19 ਮਰਲੇ ਜ਼ਮੀਨ, ਜੋ ਕਿ ਖਸਰਾ ਨੰਬਰ 1/21/1 (1-4), 3//1/1 (1-4), 19 (8-0), 3/20 (8-0), 4//5 (8-0), 6 (8-0), 24 (8-0), 3//11 (8-0), 12 (8-0), 13/1 (0-14), 4//14/2 (4-16), 15 (8-0), 16 (8-0), 4//17 (8-0), 25 (8-0) ਵਿੱਚ ਸ਼ਾਮਲ 95 ਕਨਾਲ 18 ਮਰਲੇ ਜ਼ਮੀਨ ਵਿੱਚੋਂ 1/4 ਹਿੱਸਾ ਹੈ।<br>c) ਖਸਰਾ ਨੰਬਰ 2//21/2 (6-16), 20/2 (2-9), 3//1/2 (6-16), 3//9/2 (6-16), 2//19/1 (1-6), 22 (6-19), 23 (0-8), 3//2 (8-0), 3 (4-12), 3//7 (1-16), 8 (7-14), 9/1 (1-3), 13/5 (3-8), 14 (4-6), /26 (1-0) ਵਿੱਚ ਸ਼ਾਮਲ 13 ਕਨਾਲ 4 ਮਰਲੇ ਜ਼ਮੀਨ ਦਾ 1/4 ਹਿੱਸਾ ਹੋਵੇਗਾ।<br>d) 6 ਕਨਾਲ 5 ਮਰਲੇ ਵਾਲੀ ਜ਼ਮੀਨ, ਖਸਰਾ ਨੰਬਰ 2/22/2 (6-16), 2//20/2 (2-9), 3//1/2 (6-16), 9/2 (6-16), 2//19/1 (1-6), 22 (6-19), 23 (0-8), 3//2 (8-0), 3 (4-12), 7 (1-16), 8 (7-14), 9/1 (1-3), 13/5 (3-8), 14(4-6), 1/26 (1-0) ਵਿੱਚ ਸ਼ਾਮਲ 63 ਕਨਾਲ 4 ਮਰਲੇ ਵਾਲੀ ਜ਼ਮੀਨ ਵਿੱਚੋਂ 25 ਕਨਾਲ ਵਾਲੀ ਜ਼ਮੀਨ ਦਾ 1/4 ਹਿੱਸਾ।<br>e) 6 ਕਨਾਲ 5 ਮਰਲੇ ਵਾਲੀ ਜ਼ਮੀਨ 1/4 ਹਿੱਸਾ ਹੋਵੇਗੀ, 63 ਕਨਾਲ 4 ਮਰਲੇ ਵਾਲੀ ਜ਼ਮੀਨ ਵਿੱਚੋਂ 25 ਕਨਾਲ ਵਾਲੀ ਜ਼ਮੀਨ ਦਾ 1 ਹਿੱਸਾ ਹੋਵੇਗਾ, ਜੋ ਕਿ ਖਸਰਾ ਨੰਬਰ 2//21/2 (6-16), 2//20/2 (2-9), 3//1/2 (6-16), 9/2 (6-16), 2//19/1 (1-6), 22 (6-19), 23 (0-8), 3//2 (8-0), 3 (4-12), 7 (1-16), 8(7-14), 9/1 (1-3), 13/5 (3-8), 14 (4-6), 1/26 (1-0) ਵਿੱਚ ਸ਼ਾਮਲ ਹੈ।<br>f) ਖਸਰਾ ਨੰਬਰ 2//19/2 (0-12), 20/1 (5-0), 1//6 (3-9), 7 (0-6), 14/2 (4-5), 15 (3-12), 16/1 (4-17), 2//11 (3-13) ਵਿੱਚ ਸ਼ਾਮਲ 9 ਕਨਾਲ 14 ਮਰਲੇ ਜ਼ਮੀਨ ਵਿੱਚੋਂ 1/3 ਹਿੱਸਾ 3 ਕਨਾਲ 4 ਮਰਲੇ ਜ਼ਮੀਨ ਹੈ।<br>g) ਖਸਰਾ ਨੰਬਰ 2//19/2 (0-12), 20/1 (5-0), 1//6 (3-9), 7(0-6), 14/2 (4-5), 15 (7-0), 16/1 (4-17), 2//11 (3-13) ਵਿੱਚ ਸ਼ਾਮਲ 19 ਕਨਾਲ 8 ਮਰਲੇ ਜ਼ਮੀਨ ਵਿੱਚੋਂ 6 ਕਨਾਲ 9 ਮਰਲੇ ਹਿੱਸੇ ਵਾਲੀ ਜ਼ਮੀਨ। **ਕਬਜ਼ੇ ਦੀ ਕਿਸਮ: ਸੰਕੇਤਕ** | Rs. 1,32,50,000/-<br>Rs. 13,25,000/-<br>Rs. 1,00,000/- |
| 15. | **ਕਰਜ਼ਦਾਰ: ਮੈਸ. ਨਿੱਟ ਐਨ ਕਰਾਫਟ (ਰਾਹੀਂ ਇਸਦੇ ਪ੍ਰੋਪ. ਸ੍ਰੀ ਰਕੇਸ਼ ਜੈਨ)** 34-35, ਸੁੰਦਰ ਨਗਰ, ਲੁਧਿਆਣਾ ਪੰਜਾਬ-141008, **ਰਕੇਸ਼ ਜੈਨ ਸਪੁੱਤਰ ਨਰਿੰਦਰ ਕੁਮਾਰ ਜੈਨ**, ਮਕਾਨ ਨੰ. 108-ਡੀ, ਕਿਚਲੂ ਨਗਰ, ਲੁਧਿਆਣਾ, **ਜ਼ਾਮਨਾਂ: ਰਾਹੁਲ ਜੈਨ** ਸਪੁੱਤਰ ਰਕੇਸ਼ ਜੈਨ, ਮਕਾਨ ਨੰ. 108-ਡੀ, ਕਿਚਲੂ ਨਗਰ, ਲੁਧਿਆਣਾ | Rs. 2,54,32,164.56 31.05.2023 ਅਨੁਸਾਰ ਜਮ੍ਹਾਂ ਵਿਆਜ । | ਵਿਕਰੀ ਡੀਡ ਵਸੀਕਾ ਨੰ. 21646 ਮਿਤੀ 28.03.1989 (ਪਲਾਟ ਨੰ. 35 ਮਾਪ 250 ਵਰਗ ਗਜ਼) ਅਤੇ ਵਿਕਰੀ ਡੀਡ ਵਸੀਕਾ ਨੰ. 21522 ਮਿਤੀ 27.03.1989 (ਪਲਾਟ ਨੰ. 34 ਮਾਪ 250 ਵਰਗ ਗਜ਼) ਅਧੀਨ ਫਰਮ ਮੈਸ. ਨਿੱਟ ਐਨਕਰਾਫਟ ਦੀ ਮਲਕੀਅਤ ਵਾਲੀ ਜਮ੍ਹਾਂਬੰਦੀ ਸਾਲ 2007-2008 ਅਨੁਸਾਰ ਪਿੰਡ ਤਰਫ ਸੈਦਾਂ ਵਿਖੇ ਖਸਰਾ ਨੰ. 173, ਖਾਤਾ ਨੰ. 2128/2338 ਅਧੀਨ ਐਮ.ਸੀ. ਨੰਬਰ ਬੀ-24-2775, ਸਾਹਮਣੇ ਰਿਤੰਬਰਾ ਪਬਲਿਕ ਸਕੂਲ, ਸੁੰਦਰ ਨਗਰ, ਲੁਧਿਆਣਾ ਵਿਖੇ ਸਥਿਤ 500 ਵਰਗ ਗਜ਼ ਮਾਪ ਵਾਲੀ ਅਚੱਲ ਸੰਪੱਤੀ ਨੰ. 34 ਅਤੇ 35 ਦੀ ਈਐਮਜੀ। **ਹੱਦਬੰਦੀ: ਪੂਰਬ:** ਗੁਆਂਢੀ (60 ਫੁੱਟ), **ਪੱਛਮ:** ਗਲੀ (60 ਫੁੱਟ), **ਉੱਤਰ:** ਕੁਲਦੀਪ ਔਸਵਾਲ (75 ਫੁੱਟ), **ਦੱਖਣ:** ਗੁਆਂਢੀ (75 ਫੁੱਟ)। **ਕਬਜ਼ੇ ਦੀ ਕਿਸਮ: ਸੰਕੇਤਕ।** | Rs. 2,10,00,000/-<br>Rs. 21,00,000/-<br>Rs. 1,00,000/- |
| 16. | ਕਰਜ਼ਦਾਰ : 1. ਮੈਸਰਜ਼ ਵਾਈ ਐਮ ਜੈਨ ਐਂਟਰਪ੍ਰਾਈਜ਼ਿਜ਼ (ਮਾਲਕੀਅਤ ਫਰਮ ਆਪਣੇ ਮਾਲਕ ਸ਼੍ਰੀ ਮੋਹਿਤ ਜੈਨ ਰਾਹੀਂ), ਪਤਾ: -2nd Floor, ਬੀ-6-439, ਰਾਮ ਗਲੀ, ਪੁਰਾਣੀ ਮਾਧੋਪੁਰੀ, ਲੁਧਿਆਣਾ ਪੰਜਾਬ 141008। 2. ਸ਼੍ਰੀ ਮੋਹਿਤ ਜੈਨ ਪੁੱਤਰ ਸ਼੍ਰੀ ਮਨੋਜ ਜੈਨ, ਪਤਾ: ਮਕਾਨ ਨੰਬਰ ਬੀ-6-1142, ਗਲੀ ਨੰਬਰ 06, ਵਾਰਡ ਨੰਬਰ 38, ਤਾਜ ਗੰਜ, ਲੁਧਿਆਣਾ, ਪੰਜਾਬ 1441008। 3. ਪਿਆਰੇ ਲਾਲ ਜੈਨ ਪੁੱਤਰ ਸ਼੍ਰੀ ਪਦਮ ਚੰਦ ਜੈਨ, ਪਤਾ: ਮਕਾਨ ਨੰਬਰ 2107, ਵਾਰਡ ਨੰਬਰ 9, ਗਲੀ ਨੰਬਰ 2, ਕਰਮਾ ਹਸਪਤਾਲ ਦੇ ਨੇੜੇ, ਆਦਰਸ਼ ਨਗਰ, ਲੁਧਿਆਣਾ, ਪੰਜਾਬ 141008 ਦੇ ਨਿਵਾਸੀ। 4. ਸ਼੍ਰੀਮਤੀ। ਯੋਗਿਤਾ ਜੈਨ ਪਤਨੀ ਮਨੋਜ ਕੁਮਾਰ ਜੈਨ, ਪਤਾ:- ਮਕਾਨ ਨੰ. ਬੀ-6-1142, ਗਲੀ ਨੰ.06, ਵਾਰਡ ਨੰ. 38, ਤਾਜ ਗੰਜ, ਲੁਧਿਆਣਾ, ਪੰਜਾਬ 141008। | Rs. 54,41,096.98 31.10.2023 ਦੇ ਅਨੁਸਾਰ ਜਮ੍ਹਾਂ ਵਿਆਜ | ਲਾਟ-1: ਜਾਇਦਾਦ ਵਾਲਾ M. C No B-VI-439 ਖੇਤਰ 129-1/4 ਵਰਗ ਗਜ਼ ਮਾਪਦਾ ਹੈ ਜੋ ਖਸਰਾ ਨੰਬਰ 2018/1462/1161/186 ਤੋਂ 189 (0-0-6), 2019/1506/345/202 (0-0-9), ਸਾਲ 2007-08 ਲਈ ਜਮਾਂਬੰਦੀ ਅਨੁਸਾਰ ਖਾਤਾ ਨੰਬਰ 345/368 (ਸਾਲ 2012-13 ਲਈ ਜਮਾਂਬੰਦੀ ਅਨੁਸਾਰ ਖਾਤਾ ਨੰਬਰ 353/375), ਪਿੰਡ ਲੁਧਿਆਣਾ ਸ਼ਹਿਰ ਐਚ ਬੀ ਨੰਬਰ 170 ਇਲਾਕੇ ਜਿਸਨੂੰ ਕੂਚਾ ਨੰਬਰ 1 ਰਾਮ ਗਲੀ ਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਜੋਂ ਜਾਣਿਆ ਜਾਂਦਾ ਹੈ, ਦੀ ਮਾਲੀਆ ਜਾਇਦਾਦ ਦੇ ਅੰਦਰ ਸਥਿਤ, ਤ ਸ਼੍ਰੀਮਤੀ ਯੋਗਿਤਾ ਜੈਨ ਪਤਨੀ ਸ਼੍ਰੀ ਮਨੋਜ ਕੁਮਾਰ ਜੈਨ ਦੇ ਨਾਮ 'ਤੇ ਵਿਕਰੀ ਡੀਡ ਬੇਅਰਿੰਗ ਵਸੀਕਾ ਨੰਬਰ 21389 ਮਿਤੀ 16/01/2013 ਦੁਆਰਾ। ਹੇਠ ਲਿਖੇ ਅਨੁਸਾਰ ਸੀਮਾਬੱਧ: ਪੂਰਬ-ਸਕੂਲ ਵਾਲਾ ਪਾਸਾ 18' 6", ਪੱਛਮੀ-ਰਾਮ ਗਲੀ ਕੂਚਾ ਨੰਬਰ 1, ਪਾਸਾ 19'6", ਉੱਤਰ-ਭਨੋਟ ਸਾਹਿਬ ਵਾਲਾ ਪਾਸਾ 60'3", ਦੱਖਣ-ਬਿਸ਼ੰਬਰ ਲਾਲ ਵਾਲਾ ਪਾਸਾ 65'3"। ਕਬਜ਼ੇ ਦੀ ਕਿਸਮ: ਸੰਕੇਤਕ | LOT : 1<br>Rs. 51,00,000/-<br>Rs. 5,10,000/-<br>Rs.51,000/- |
| | | | ਲਾਟ: 2. ਜਾਇਦਾਦ/ਮਕਾਨ ਜਿਸ ਵਿੱਚ ਐਮਸੀ ਨੰਬਰ ਬੀ-6-682 (ਪੁਰਾਣਾ), ਬੀ-6-1142 (ਨਵਾਂ) ਖੇਤਰਫਲ 100.00 ਵਰਗ ਗਜ਼ ਹੈ, ਤਾਜ ਗੰਜ, ਸਮਰਾਲਾ ਰੋਡ, ਲੁਧਿਆਣਾ ਵਿਖੇ ਸਥਿਤ, ਵਾਸਿਕਾ ਨੰਬਰ 7271 ਮਿਤੀ 10/07/2006 ਨੂੰ ਸ਼੍ਰੀਮਤੀ ਯੋਗਿਤਾ ਜੈਨ ਪਤਨੀ ਸ਼੍ਰੀ ਮਨੋਜ ਕੁਮਾਰ ਜੈਨ ਅਤੇ ਸ਼੍ਰੀ ਪਿਆਰੇ ਲਾਲ ਪੁੱਤਰ ਸ਼੍ਰੀ ਪਦਮ ਚੰਦ ਦੇ ਨਾਮ 'ਤੇ ਵਿਕਰੀ ਡੀਡ ਪੂਰਬ-ਰਮੇਸ਼ ਭਾਟੀਆ: 30'-0", ਪੱਛਮ- ਗਲੀ: 30'-0", ਉੱਤਰ- ਮਹਿੰਦਰ ਸਿੰਘ: 30'-0", ਦੱਖਣ- ਜੋਗਿੰਦਰ ਸਿੰਘ: 30"-0"। ਕਬਜ਼ੇ ਦੀ ਕਿਸਮ: ਸੰਕੇਤਕ | LOT : 2<br>Rs. 36,00,000/-<br>Rs. 3,60,000/-<br>Rs. 36,000/- |

**ਨਿਯਮ ਅਤੇ ਸ਼ਰਤਾਂ :- ਵਿਕਰੀ ਸਰਫਾਇਸੀ ਐਕਟ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਵਿਚ ਪ੍ਰਸਤਾਵਿਤ ਨਿਯਮ ਅਤੇ ਸ਼ਰਤਾਂ ਅਤੇ ਨਿਮਨਲਿਖਤ ਹੋਰ ਸ਼ਰਤਾਂ ਨਾਲ ਸੰਬਧਤ ਹੋਵੇਗੀ** : 1. ਉਕਤ ਦਰਸਾਈ ਸੂਚੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਲਈ ਦਰਸਾਏ ਗਏ ਹਨ, ਪ੍ਰੰਤੂ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ। 2. ਵਿਕਰੀ ਵੈਬਸਾਈਟ **https://baanknet.com** 'ਤੇ ਵਿਵਸਥਿਤ ਈ-ਨਿਲਾਮੀ ਪਲੇਟਫਾਰਮ ਰਾਹੀਂ 13.06.2025 **ਨੂੰ ਦੁਪਹਿਰ** 12.00 **ਵਜੇ ਤੋਂ ਸ਼ਾਮ** 05.00 **ਵਜੇ ਤੱਕ** ਨਿਮਨ ਹਸਤਾਖ਼ਰੀ ਵੱਲੋਂ ਕੀਤੀ ਜਾਵੇਗੀ। ਉਕਤ ਦਰਸਾਈਆਂ ਸੰਪੱਤੀਆਂ ਸਬੰਧੀ ਕਿਸੇ ਵੀ ਜਾਣਕਾਰੀ ਦੇ ਲਈ, ਕਿਰਪਾ ਕਰਕੇ ਸਬੰਧਤ ਮੈਨੇਜਰ ਨੂੰ ਸੰਪਰਕ ਕਰੋ। 3. ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ **https://baanknet.com, https://www.unionbankofindia.co.in** ਦਾ ਹਵਾਲਾ ਲਓ। 4. ਪੰਜੀਕਰਨ ਅਤੇ ਲਾਗਇਨ ਅਤੇ ਬੋਲੀ ਨਿਯਮਾਂ ਦੇ ਲਈ **"Buyer Guide for Login and Registration"** ਵਿਚ **https://baanknet.com** ਦੇਖੋ।

**ਇਸ ਨੂੰ ਉਕਤ ਦਰਸਾਈ ਮਿਤੀ ਨੂੰ ਈ-ਨਿਲਾਮੀ ਵਿਕਰੀ ਨੂੰ ਰੋਕਣ ਸੰਬਧੀ ਉਕਤ ਦਰਸਾਏ ਕਰਜ਼ੇ ਦੇ ਕਰਜ਼ਦਾਰ/ਾਂ/ਜ਼ਾਮਨ/ਾਂ ਅਤੇ ਗਿਰਵੀਕਾਰ/ਾਂ ਦੇ ਲਈ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6), ਨਿਯਮ 9 (1) ਦੇ ਅਧੀਨ 15 ਰੋਜ਼ਾ ਸੂਚਨਾ ਵਜੋਂ ਵੀ ਮੰਨਿਆ ਜਾਵੇ।**

ਮਿਤੀ : 23.05.2025 , ਸਥਾਨ : ਲੁਧਿਆਣਾ — **ਅਧਿਕਾਰਤ ਅਧਿਕਾਰੀ, ਯੂਨੀਅਨ ਬੈਂਕ ਆਫ ਇੰਡੀਆ**

## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ

# ਕੈਂਸਰ ਤੇ ਦਿਲ ਦੇ ਗੰਭੀਰ ਰੋਗਾਂ ਨੂੰ ਠੀਕ ਕਰਦੀ ਹੈ 'ਮੱਕੀ ਦੀ ਰੋਟੀ'

ਸਰਦੀਆਂ ਚ ਮੱਕੀ ਦਾ ਸੇਵਨ ਕਰਨਾ ਸਿਹਤ ਲਈ ਬਹੁਤ ਫਾਇਦੇਮੰਦ ਹੁੰਦਾ ਹੈ। ਚਾਹੇ ਇਸ ਨੂੰ ਦਾਣੇ ਦੇ ਰੂਪ ਚ ਖਾਓ ਜਾਂ ਰੋਟੀ ਦੇ ਰੂਪ ਚ। ਇਸ ਚ ਵਿਟਾਮਿਨ-ਏ, ਬੀ, ਈ ਅਤੇ ਕਈ ਤਰ੍ਹਾਂ ਦੇ ਮਿਨਰਲਸ ਜਿਵੇਂ ਆਇਰਨ, ਕਾਪਰ, ਜ਼ਿੰਕ ਅਤੇ ਮੈਗਨੀਜ਼, ਸੇਲੇਨਿਯਮ ਪੋਟਾਸ਼ੀਅਮ ਆਦਿ ਭਰਪੂਰ ਮਾਤਰਾ ਚ ਹੁੰਦੇ ਹਨ। ਇਹ ਕੋਲਨ ਕੈਂਸਰ ਅਤੇ ਦਿਲ



ਦੇ ਗੰਭੀਰ ਰੋਗ ਹੋਣ ਦੀ ਸੰਭਾਵਨਾ ਨੂੰ ਘੱਟ ਕਰਦੇ ਹਨ। ਇਸ ਲਈ ਆਪਣੀ ਖੁਰਾਕ ਚ ਮੱਕੀ ਦੀ ਰੋਟੀ ਨੂੰ ਜ਼ਰੂਰ ਸ਼ਾਮਲ ਕਰੋ। ਆਓ ਜਾਣਦੇ ਹਾਂ ਇਸ ਦੇ ਫਾਇਦੇ।

ਅੱਖਾਂ ਦੀ ਰੋਸ਼ਨੀ ; ਇਸ ਚ ਪਾਇਆ ਜਾਣ ਵਾਲਾ ਰੇਟਿਨੋਈਡਸ ਅੱਖਾਂ ਦੇ ਰੇਟਿਨਾ ਲਈ ਲਾਭਕਾਰੀ ਹੁੰਦਾ ਹੈ। ਇਸ ਦਾ ਸੇਵਨ ਕਰਨ ਨਾਲ ਅੱਖਾਂ ਦੀ ਰੋਸ਼ਨੀ ਨੂੰ ਫ਼ਾਇਦਾ ਮਿਲਦਾ ਹੈ।

ਚਮੜੀ ਲਈ ਫਾਇਦੇਮੰਦ ; ਇਸ ਚ ਮੌਜੂਦ ਬੀਟਾ-ਕੈਰੋਟਿਨ ਅਤੇ ਵਿਟਾਮਿਨ-ਏ ਚਮੜੀ ਲਈ ਬੈਸਟ ਹੁੰਦਾ ਹੈ। ਰੋਜ਼ਾਨਾ ਇਸ ਦਾ ਸੇਵਨ ਕਰਨ ਨਾਲ ਚਮੜੀ 'ਚ ਨਿਖ਼ਾਰ ਆਉਂਦਾ ਹੈ।

ਕੈਂਸਰ ਦੀ ਰੋਕਥਾਮ ; ਮੱਕੀ ਦਾ ਸੇਵਨ ਕਰਨਾ ਸਿਹਤ ਲਈ ਬੇਹੱਦ ਫਾਇਦੇਮੰਦ ਹੁੰਦਾ ਹੈ। ਇਸ ਚ ਐਂਟੀ-ਆਕਸੀਡੈਂਟ, ਬੀਟਾ ਕ੍ਰਿਪਟੋਜੇਂਥਿਨ, ਐਂਟੀ-ਆਕਸੀਡੈਂਟ ਭਰਪੂਰ ਮਾਤਰਾ ਚ ਪਾਏ ਜਾਂਦੇ ਹਨ, ਜੋ ਫੇਫੜਿਆਂ ਦੇ ਕੈਂਸਰ, ਲਿਵਰ ਅਤੇ ਬ੍ਰੈਸਟ ਕੈਂਸਰ ਦੇ ਖ਼ਤਰੇ ਨੂੰ ਘੱਟ ਕਰਦੇ ਹਨ।

ਦਿਲ ਨੂੰ ਸਿਹਤਮੰਦ ਰੱਖੇ ; ਇਹ ਕੋਲੈਸਟਰੋਲ ਨੂੰ ਘੱਟ ਕਰ ਕਾਰਡਿਓਵਸਕੁਲਰ ਦੇ ਰਿਸਕ ਨੂੰ ਘੱਟ ਕਰਦਾ ਹੈ। ਇਸ ਚ ਓਮੇਗਾ-3 ਫੈਟੀ ਐਸਿਡ ਹੁੰਦਾ ਹੈ, ਜੋ ਦਿਲ ਨੂੰ ਸਿਹਤਮੰਦ ਬਣਾਉਂਦਾ ਹੈ। ਇਸ ਤੋਂ ਇਲਾਵਾ ਇਹ ਹਾਈ ਬੀ.ਪੀ. ਦੀ ਸਮੱਸਿਆ ਨੂੰ ਵੀ ਘੱਟ ਕਰ ਹਾਰਟ ਅਟੈਕ ਤੇ ਸਟ੍ਰੋਕ ਦਾ ਖ਼ਤਰਾ ਘੱਟ ਕਰਦਾ ਹੈ। ਨਿਯਮਿਤ ਇਸ ਨੂੰ ਖਾਣ ਨਾਲ ਸਰੀਰ ਚੋਂ ਮਾੜੇ ਕੋਲੈਸਟਰੋਲ ਦਾ ਲੈਵਲ ਘੱਟ ਹੋ ਜਾਂਦਾ ਹੈ।

ਸਰਦੀ-ਜ਼ੁਕਾਮ ਤੋਂ ਰਾਹਤ ; ਮੱਕੀ ਦੇ ਭੁੱਟੇ ਨੂੰ ਜਲਾ ਕੇ ਉਸ ਦੀ ਰਾਖ ਨੂੰ ਪੀਸ ਲਓ ਫਿਰ ਇਸ ਚ ਸੁਆਦ ਮੁਤਾਬਕ ਸੇਂਧਾ ਨਮਕ ਪਾ ਕੇ ਦਿਨ ਚ 4 ਵਾਰ 1 ਚੱਮਚ ਇਸ ਦਾ ਸੇਵਨ ਕਰੋ। ਇਸ ਨਾਲ ਖਾਂਸੀ, ਕਫ ਅਤੇ ਸਰਦੀ ਤੋਂ ਰਾਹਤ ਮਿਲਦੀ ਹੈ।

ਹੱਡੀਆਂ ਨੂੰ ਮਜ਼ਬੂਤ ਬਣਾਏ ; ਇਹ ਹੱਡੀਆਂ ਲਈ ਬਹੁਤ ਫਾਇਦੇਮੰਦ ਹੁੰਦੀ ਹੈ। ਮੈਗਨੀਸ਼ੀਅਮ ਅਤੇ ਆਇਰਨ ਇਸ ਚ ਭਰਪੂਰ ਮਾਤਰਾ ਚ ਹੁੰਦਾ ਹੈ, ਜੋ ਹੱਡੀਆਂ ਨੂੰ ਮਜ਼ਬੂਤ ਬਣਾਉਂਦਾ ਹੈ। ਨਾਲ ਹੀ ਇਸ ਚ ਮੌਜੂਦ ਜ਼ਿੰਕ ਅਤੇ ਫਾਸਫੋਰਸ ਆਰਥਰਾਈਟਸ ਵਰਗੇ ਰੋਗਾਂ ਦੇ ਖ਼ਤਰੇ ਨੂੰ ਘੱਟ ਕਰਦਾ ਹੈ।

ਪਾਚਣ ਦੀ ਸਮੱਸਿਆ ; ਕਣਕ ਦੀ ਰੋਟੀ ਦੀ ਬਜਾਏ ਮੱਕੀ ਦੀ ਰੋਟੀ ਜਲਦੀ ਹਜ਼ਮ ਹੋ ਜਾਂਦੀ ਹੈ। ਮੱਕੀ ਚ ਮੌਜੂਦ ਫਾਈਬਰ ਪਾਚਨ ਨੂੰ ਸਹੀ ਰੱਖਦਾ ਹੈ ਅਤੇ ਹਾਨੀਕਾਰਕ ਪਦਾਰਥਾਂ ਨੂੰ ਸਰੀਰ ਚੋਂ ਬਾਹਰ ਕੱਢਣ ਦਾ ਕੰਮ ਕਰਦਾ ਹੈ। ਇਸ ਤੋਂ ਇਲਾਵਾ ਐਸੀਡਿਟੀ, ਕਬਜ਼ ਆਦਿ ਪੇਟ ਸਬੰਧੀ ਸਮੱਸਿਆਵਾਂ ਘੱਟ ਹੁੰਦੀਆਂ ਹਨ।

ਖ਼ੂਨ ਵਧਾਏ ; ਅਨੀਮੀਆ ਦੇ ਮਰੀਜ਼ਾਂ ਲਈ ਮੱਕੀ ਬਹੁਤ ਲਾਭਕਾਰੀ ਹੁੰਦੀ ਹੈ, ਕਿਉਂਕਿ ਇਸ ਚ ਜ਼ਿੰਕ, ਆਇਰਨ ਅਤੇ ਬੀਟਾ-ਕੈਰੋਟਿਨ ਹੁੰਦਾ ਹੈ, ਜੋ ਸਰੀਰ ਚ ਲਾਲ ਖ਼ੂਨ ਕੋਸ਼ਿਕਾਵਾਂ ਨੂੰ ਵਧਾਉਂਦਾ ਹੈ। ਇਸ ਤੋਂ ਇਲਾਵਾ ਇਹ ਵਿਟਾਮਿਨਸ ਦੀ ਕਮੀ ਨੂੰ ਵੀ ਦੂਰ ਕਰਦਾ ਹੈ।

### ਟਰੰਪ ਨੂੰ ਅਦਾਲਤ ਤੋਂ ਝਟਕਾ

# ਹਾਰਵਰਡ ਵਿੱਚ ਵਿਦੇਸ਼ੀ ਵਿਦਿਆਰਥੀਆਂ ਨੂੰ ਦਾਖ਼ਲਾ ਨਾ ਦੇਣ ਦੇ ਫ਼ੈਸਲੇ 'ਤੇ ਲਗਾਈ ਰੋਕ

**ਹਾਰਵਰਡ ਨੇ ਟਰੰਪ ਦੇ ਫ਼ੈਸਲੇ ਖ਼ਿਲਾਫ਼ ਮੈਸੇਚਿਉਸੇਟਸ ਦੀ ਅਮਰੀਕੀ ਜ਼ਿਲ੍ਹਾ ਅਦਾਲਤ ਵਿੱਚ ਦਾਇਰ ਕੀਤਾ ਮੁਕੱਦਮਾ**

ਵਾਸ਼ਿੰਗਟਨ, 24 ਮਈ (ਚ.ਨ.ਸ.) : ਡੋਨਾਲਡ ਟਰੰਪ ਨੂੰ ਹਾਰਵਰਡ ਯੂਨੀਵਰਸਿਟੀ ਵਿੱਚ ਵਿਦੇਸ਼ੀ ਵਿਦਿਆਰਥੀਆਂ ਦੇ ਦਾਖ਼ਲੇ ਦੇ ਮਾਮਲੇ ਵਿੱਚ ਅਦਾਲਤ ਤੋਂ ਝਟਕਾ ਲੱਗਾ ਹੈ।

ਟਰੰਪ ਪ੍ਰਸ਼ਾਸਨ ਨੇ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਦਾਖ਼ਲਾ ਦੇਣ ਵਾਲੇ ਸਟੂਡੈਂਟ ਐਂਡ ਐਕਸਚੇਂਜ ਵਿਜ਼ਿਟਰ ਪ੍ਰੋਗਰਾਮ ਸਰਟੀਫਿਕੇਟ ਨੂੰ ਰੱਦ ਕਰ ਦਿੱਤਾ ਸੀ ਪਰ ਹਾਰਵਰਡ ਨੇ ਇਸ ਦੇ ਖ਼ਿਲਾਫ਼ ਮੈਸੇਚਿਉਸੇਟਸ ਦੀ ਅਮਰੀਕੀ ਜ਼ਿਲ੍ਹਾ ਅਦਾਲਤ ਵਿੱਚ ਮੁਕੱਦਮਾ ਦਾਇਰ ਕੀਤਾ।ਅਦਾਲਤ ਨੇ ਇਸ ਮਾਮਲੇ ਵਿੱਚ ਦਖ਼ਲ ਦਿੱਤਾ ਹੈ ਅਤੇ ਟਰੰਪ ਪ੍ਰਸ਼ਾਸਨ ਦੇ ਇਸ ਕਦਮ ਤੇ ਅਸਥਾਈ ਤੌਰ ਤੇ ਰੋਕ ਲਗਾ ਦਿੱਤੀ ਹੈ। ਜ਼ਿਲ੍ਹਾ ਅਦਾਲਤ ਨੇ ਇਸ ਮਾਮਲੇ ਵਿੱਚ ਇੱਕ ਸਥਾਈ ਹੁਕਮ ਵੀ ਜਾਰੀ ਕੀਤਾ ਹੈ। ਦੱਸ ਦੇਈਏ ਕਿ ਹਾਰਵਰਡ ਯੂਨੀਵਰਸਿਟੀ ਸਬੰਧੀ ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ( ਵੱਲੋਂ ਇੱਕ ਆਦੇਸ਼ ਜਾਰੀ ਕੀਤਾ ਗਿਆ ਸੀ।



ਇਸ ਤੋਂ ਬਾਅਦ, ਦੁਨੀਆ ਭਰ ਦੇ ਵਿਦਿਆਰਥੀ ਜੋ ਹਾਰਵਰਡ ਵਿੱਚ ਪੜ੍ਹ ਰਹੇ ਹਨ, ਚਿੰਤਤ ਹਨ।ਹਾਰਵਰਡ ਨੇ ਅਦਾਲਤ ਵਿੱਚ ਦਾਇਰ ਮੁਕੱਦਮੇ ਵਿੱਚ ਕਿਹਾ ਹੈ ਕਿ ਟਰੰਪ ਸਰਕਾਰ ਦੀ ਇਹ ਕਾਰਵਾਈ ਅਮਰੀਕੀ ਸੰਵਿਧਾਨ ਦੇ ਪਹਿਲੇ ਸੋਧ ਦੇ ਵਿਰੁੱਧ ਹੈ ਅਤੇ ਇਸ ਦਾ ਹਾਰਵਰਡ ਅਤੇ 7000 ਤੋਂ ਵੱਧ ਵੀਜ਼ਾ ਧਾਰਕਾਂ ਤੇ ਬਹੁਤ ਬੁਰਾ ਪ੍ਰਭਾਵ ਪਵੇਗਾ।

ਹਾਰਵਰਡ ਨੇ ਕਿਹਾ ਕਿ ਸਰਕਾਰ ਨੇ ਯੂਨੀਵਰਸਿਟੀ ਦੇ ਵਿਦਿਆਰਥੀ ਸੰਗਠਨ ਦੇ ਇੱਕ-ਚੌਥਾਈ ਹਿੱਸੇ ਨੂੰ ਖ਼ਤਮ ਕਰਨ ਦੀ ਕੋਸ਼ਿਸ਼ ਕੀਤੀ ਹੈ, ਜਿਸ ਵਿੱਚ ਵਿਦੇਸ਼ੀ ਵਿਦਿਆਰਥੀ ਸ਼ਾਮਲ ਹਨ ਜੋ ਯੂਨੀਵਰਸਿਟੀ ਅਤੇ ਇਸ ਦੇ ਮਿਸ਼ਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ।

# ਟਰੰਪ ਨੇ ਸੈਮਸੰਗ ਨੂੰ ਵੀ ਦਿੱਤੀ ਧਮਕੀ, ਭਾਰਤ ਵਿੱਚ ਨਹੀਂ, ਅਮਰੀਕਾ ਵਿੱਚ ਬਣਾਓ ਸਮਾਰਟਫੋਨ

ਨਿਊਯਾਰਕ, 24 ਮਈ (ਚ.ਨ.ਸ.) : ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਆਈਫੋਨ ਨਿਰਮਾਤਾ ਐਪਲ ਦੇ ਨਾਲ-ਨਾਲ ਸੈਮਸੰਗ ਨੂੰ ਵੀ ਸਖ਼ਤ ਚੇਤਾਵਨੀ ਦਿੱਤੀ ਹੈ। ਟਰੰਪ ਨੇ ਕਿਹਾ ਕਿ ਜੇਕਰ ਇਹ ਕੰਪਨੀਆਂ ਅਮਰੀਕਾ ਵਿੱਚ ਆਪਣੇ ਸਮਾਰਟਫੋਨ ਨਹੀਂ ਬਣਾਉਂਦੀਆਂ, ਤਾਂ ਉਨ੍ਹਾਂ ਨੂੰ 25% ਆਯਾਤ ਡਿਊਟੀ (ਟੈਰਿਫ) ਦਾ ਸਾਹਮਣਾ ਕਰਨਾ ਪਵੇਗਾ। ਵ੍ਹਾਈਟ ਹਾਊਸ ਵਿਖੇ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਟਰੰਪ ਨੇ ਸਪੱਸ਼ਟ ਕੀਤਾ, ਇਹ ਸਿਰਫ਼ ਐਪਲ ਤੱਕ ਸੀਮਤ ਨਹੀਂ ਹੈ। ਇਹ ਸੈਮਸੰਗ ਅਤੇ ਅਮਰੀਕਾ ਵਿੱਚ ਫ਼ੋਨ ਵੇਚਣ ਵਾਲੀ ਕਿਸੇ ਵੀ ਕੰਪਨੀ ਤੇ ਲਾਗੂ ਹੋਵੇਗਾ। ਜੇਕਰ ਉਹ ਅਮਰੀਕਾ ਵਿੱਚ ਫੈਕਟਰੀ ਸਥਾਪਤ ਕਰਦੇ ਹਨ, ਤਾਂ ਕੋਈ ਟੈਰਿਫ ਨਹੀਂ ਹੋਵੇਗਾ।




ਪਰ ਜੇਕਰ ਉਹ ਅਜਿਹਾ ਨਹੀਂ ਕਰਦੇ, ਤਾਂ ਉਨ੍ਹਾਂ ਨੂੰ 25% ਟੈਕਸ ਦੇਣਾ ਪਵੇਗਾ। ਨਹੀਂ ਤਾਂ, ਇਹ ਨਿਰਪੱਖ ਨਹੀਂ ਹੋਵੇਗਾ।ਟਰੰਪ ਨੇ ਟ੍ਰੂਥ ਸੋਸ਼ਲ ਤੇ ਪੋਸਟ ਕੀਤਾ ਅਤੇ ਕਿਹਾ, ਮੈਂ ਐਪਲ ਦੇ ਸੀਈਓ ਟਿਮ ਕੁੱਕ ਨੂੰ ਪਹਿਲਾਂ ਹੀ ਦੱਸ ਦਿੱਤਾ ਹੈ ਕਿ ਅਮਰੀਕਾ ਵਿੱਚ ਵਿਕਣ ਵਾਲੇ ਆਈਫੋਨ ਇੱਥੇ ਬਣਾਏ ਜਾਣੇ ਚਾਹੀਦੇ ਹਨ। ਭਾਰਤ ਜਾਂ ਕਿਸੇ ਹੋਰ ਦੇਸ਼ ਵਿੱਚ ਨਹੀਂ। ਜੇਕਰ ਅਜਿਹਾ ਨਹੀਂ ਹੁੰਦਾ ਹੈ, ਤਾਂ ਐਪਲ ਨੂੰ ਅਮਰੀਕਾ ਵਿੱਚ ਘੱਟੋ-ਘੱਟ 25% ਟੈਕਸ ਦੇਣਾ ਪਵੇਗਾ। ਪੋਸਟ ਤੋਂ ਥੋੜ੍ਹੀ ਦੇਰ ਬਾਅਦ ਹੀ ਐਪਲ ਦੇ ਸ਼ੇਅਰ 2.6% ਡਿੱਗ ਗਏ, ਜਿਸ ਨਾਲ ਕੰਪਨੀ ਦੇ ਮਾਰਕੀਟ ਕੈਪ ਵਿੱਚੋਂ £70 ਬਿਲੀਅਨ ਦਾ ਨੁਕਸਾਨ ਹੋ ਗਿਆ।

# ਅਦਾਰਾ ਚੜ੍ਹਦੀਕਲਾ ਦੀ ਟੀਮ ਵੱਲੋਂ ਸਿੱਖ ਆਰਟ ਗੈਲਰੀ ਦਾ ਦੌਰਾ




ਵਾਸ਼ਿੰਗਟਨ, 24 ਮਈ, (ਚ.ਨ.ਸ.) : ਪਿਛਲੇ ਦਿਨੀ ਅਮਰੀਕਾ ਦੇ ਸ਼ਹਿਰ ਫਿਨਿਕਸ ਦੇ ਖਾਸ ਦੌਰੇ ਦੌਰਾਨ ਅਦਾਰਾ ਚੜ੍ਹਦੀਕਲਾ ਦੀ ਟੀਮ ਜਿਸ ਵਿੱਚ ਚੜ੍ਹਦੀਕਲਾ ਅਦਾਰੇ ਦੇ ਡਾਇਰੈਕਟਰ ਸ੍ਰ. ਹਰਪ੍ਰੀਤ ਸਿੰਘ ਦਰਦੀ, ਟੈਕਨੀਕਲ ਹੈਡ ਸ੍ਰੀ ਰਵੀਕਾਂਤ ਸ਼ਰਮਾ ਫਿਨਿਕਸ ਤੋਂ ਚੜਦੀਕਲਾ ਟਾਈਮ ਟੀਵੀ ਦੇ ਪ੍ਰੋਗਰਾਮਾਂ ਦੇ ਹੋਸਟ ਸ਼੍ਰੀਮਤੀ ਮਨਜੂ ਵਾਲੀਆ ਮੈਂ ਫਿਨਿਕਸ ਆਰਟ ਮਿਊਜਅਮ ਵਿਖੇ ਇਲਾਕੇ ਦੇ ਨਾਮਵਰ ਡਾਕਟਰ ਸਰਦਾਰ ਪਰਵਿੰਦਰਜੀਤ ਸਿੰਘ ਕਨੂਜਾ ਅਤੇ ਉਹਨਾਂ ਦੇ ਪਰਿਵਾਰ ਵੱਲੋਂ ਉਦਮ ਕਰਕੇ ਸਿੱਖੀ ਵਿੱਚ ਚੜ੍ਹਦੀਕਲਾ ਦੀ ਅਵਸਥਾ ਵਾਲੀ ਟੀਮ ਉੱਤੇ ਲਗਾਈ ਗਈ ਸਿੱਖ ਆਰਟ ਗੈਲਰੀ ਦਾ ਵਿਸ਼ੇਸ਼ ਦੌਰਾ ਕੀਤਾ। ਇਸ ਮੌਕੇ ਜਿੱਥੇ ਚੜਦੀ ਕਲਾ ਟਾਈਮ ਟੀਵੀ ਵੱਲੋਂ ਫਿਨਿਕਸ ਆਰਟ ਮਿਊਜ਼ੀਅਮ ਵਿਖੇ ਸਥਾਪਤ ਸਿੱਖ ਆਰਟ ਗੈਲਰੀ ਦੀ ਵਿਸ਼ੇਸ਼ ਡਾਕੂਮੈਂਟਰੀ ਦੇ ਰਿਕਾਰਡਿੰਗ ਵੀ ਕੀਤੀ ਗਈ ਉਥੇ ਹੀ ਸਰਦਾਰ ਹਰਪ੍ਰੀਤ ਸਿੰਘ ਦਰਦੀ ਵੱਲੋਂ ਡਾਕਟਰ ਕਨੂਜਾ ਅਤੇ ਫਿਨਿਕਸ ਆਰਟ ਮਿਊਜੀਅਮ ਦੇ ਕਿਊਰੇਟਰ ਮਿਸਟਰ ਕੌਲਿਨ ਪਿਅਰਸਨ ਅਤੇ ਸਟਾਫ ਮੈਂਬਰ ਸ੍ਰੀਮਤੀ ਸਮਾਨਥਾ ਸੰਆਤੋਸ ਦਾ ਧੰਨਵਾਦ ਵੀ ਕੀਤਾ ਗਿਆ ਅਤੇ ਅਦਾਰਾ ਚੜਦੀ ਕਲਾ ਦੇ ਯਾਦਗਾਰੀ ਗਿਫਟ ਵੀ ਦਿੱਤੇ ਗਏ।

# ਸਰੀ ਵਿੱਚ ਦੋ ਭਾਰਤੀ ਵਿਦਿਆਰਥੀ ਹਿੱਟ-ਐਂਡ-ਰਨ ਮਾਮਲੇ ਵਿੱਚ ਦੋਸ਼ੀ ਕਰਾਰ

ਸਰੀ, 24 ਮਈ (ਚ.ਨ.ਸ.) : ਕੈਨੇਡਾ ਦੇ ਸ਼ਹਿਰ ਸਰੀ ਵਿੱਚ ਜਨਵਰੀ 2024 ਵਿੱਚ ਹੋਏ ਹਿੱਟ-ਐਂਡ-ਰਨ ਮਾਮਲੇ ਵਿੱਚ ਦੋ ਭਾਰਤੀ ਵਿਦਿਆਰਥੀਆਂ ਗਗਨਪ੍ਰੀਤ ਸਿੰਘ ਅਤੇ ਜਗਦੀਪ ਸਿੰਘ ਨੂੰ ਦੋਸ਼ੀ ਠਹਿਰਾਇਆ ਗਿਆ ਹੈ। ਦੋਵਾਂ ਨੇ 45 ਸਾਲਾ ਜੇਸਨ ਐਲਬਰਟ ਗ੍ਰੇ ਨੂੰ ਆਪਣੀ ਕਾਰ ਨਾਲ ਟੱਕਰ ਮਾਰਨ ਤੋਂ ਬਾਅਦ ਲਗਭਗ 1.3 ਕਿਲੋਮੀਟਰ ਤੱਕ ਘਸੀਟ ਕੇ ਲੈ ਗਏ ਅਤੇ ਫਿਰ ਉਸ ਦੀ ਲਾਸ਼ ਨੂੰ ਸੜਕ 'ਤੇ ਸੁੱਟ ਦਿੱਤਾ। ਇਸ ਘਟਨਾ ਤੋਂ ਬਾਅਦ ਦੋਵਾਂ ਨੂੰ ਸਜ਼ਾ ਪੂਰੀ ਕਰਨ ਤੋਂ ਬਾਅਦ ਦੇਸ਼ ਨਿਕਾਲਾ ਦੇ ਦਿੱਤਾ ਜਾਵੇਗਾ।ਇਹ ਘਟਨਾ 27 ਜਨਵਰੀ, 2024 ਨੂੰ ਸਵੇਰੇ 1.38 ਵਜੇ ਦੇ ਕਰੀਬ ਵਾਪਰੀ, ਜਦੋਂ ਜਗਦੀਪ ਸਿੰਘ ਦੀ ਲਾਲ ਫੋਰਡ ਮਸਟੈਂਗ ਚਲਾ ਰਹੇ ਗਗਨਪ੍ਰੀਤ ਸਿੰਘ ਨੇ ਯੂਨੀਵਰਸਿਟੀ ਡਰਾਈਵ 'ਤੇ ਇੱਕ ਵਿਅਕਤੀ ਨੂੰ ਟੱਕਰ ਮਾਰ ਦਿੱਤੀ।ਘਟਨਾ ਦੇ ਚਸ਼ਮਦੀਦਾਂ ਨੇ 911 'ਤੇ ਫ਼ੋਨ ਕੀਤਾ ਅਤੇ ਦੱਸਿਆ ਕਿ ਇੱਕ ਆਦਮੀ




ਸੜਕ 'ਤੇ ਪਿਆ ਸੀ ਅਤੇ ਇੱਕ ਕਾਰ ਨੇ ਉਸ ਨੂੰ ਟੱਕਰ ਮਾਰ ਦਿੱਤੀ। ਕੁਝ ਪਲਾਂ ਬਾਅਦ ਉਨ੍ਹਾਂ ਨੇ ਉਹੀ ਕਾਰ ਗ੍ਰੇ ਨੂੰ ਘਸੀਟ ਰਹੀ ਸੀ। ਗਗਨਪ੍ਰੀਤ ਅਤੇ ਜਗਦੀਪ ਨੇ ਕਾਰ ਨੂੰ ਕੁਝ ਦੂਰੀ 'ਤੇ ਰੋਕਿਆ, ਗ੍ਰੇ ਦੀ ਲਾਸ਼ ਨੂੰ ਬਾਹਰ ਕੱਢਿਆ ਅਤੇ ਫਿਰ ਮੌਕੇ ਤੋਂ ਭੱਜ ਗਏ।ਗਗਨਪ੍ਰੀਤ ਸਿੰਘ ਨੇ 6 ਜਨਵਰੀ, 2025 ਨੂੰ ਅਤੇ ਜਗਦੀਪ ਸਿੰਘ ਨੇ 7 ਫਰਵਰੀ, 2025 ਨੂੰ ਸਰੀ ਪ੍ਰੋਵਿੰਸ਼ੀਅਲ ਕੋਰਟ ਵਿੱਚ ਖ਼ਤਰਨਾਕ ਡਰਾਈਵਿੰਗ, ਹਾਦਸੇ ਤੋਂ ਬਾਅਦ ਨਾ ਰੁਕਣ ਅਤੇ ਲਾਸ਼ ਨਾਲ ਛੇੜਛਾੜ ਦੇ ਦੋਸ਼ਾਂ ਨੂੰ ਸਵੀਕਾਰ ਕੀਤਾ। ਦੋਵਾਂ ਨੂੰ 22 ਮਈ 2025 ਨੂੰ ਸਜ਼ਾ ਸੁਣਾਈ ਗਈ, ਜਿਸ ਵਿੱਚ ਗਗਨਪ੍ਰੀਤ ਨੂੰ ਤਿੰਨ ਸਾਲ ਦੀ ਕੈਦ ਅਤੇ ਤਿੰਨ ਸਾਲ ਦੀ ਡਰਾਈਵਿੰਗ ਪਾਬੰਦੀ ਲੱਗੀ, ਜਦੋਂਕਿ ਜਗਦੀਪ ਨੂੰ ਚਾਰ ਸਾਲ ਦੀ ਕੈਦ ਅਤੇ ਤਿੰਨ ਸਾਲ ਦੀ ਡਰਾਈਵਿੰਗ ਪਾਬੰਦੀ ਲੱਗੀ।

## ਸ਼੍ਰੀਕਾਂਤ ਛੇ ਸਾਲਾਂ ਵਿੱਚ ਪਹਿਲੀ ਵਾਰ ਮਲੇਸ਼ੀਆ ਮਾਸਟਰਜ਼ ਦੇ ਫਾਈਨਲ 'ਚ ਪੁੱਜੇ

ਕੁਆਲਾਲੰਪੁਰ, 24 ਮਈ (ਚ.ਨ.ਸ.) : ਭਾਰਤੀ ਸ਼ਟਲਰ ਕਿਦਾਂਬੀ ਸ਼੍ਰੀਕਾਂਤ ਨੇ ਸ਼ਨੀਵਾਰ ਨੂੰ ਇੱਥੇ ਮਲੇਸ਼ੀਆ ਮਾਸਟਰਜ਼ ਸੁਪਰ 500 ਬੈਡਮਿੰਟਨ ਟੂਰਨਾਮੈਂਟ ਵਿੱਚ ਜਾਪਾਨ ਦੇ ਯੂਸ਼ੀ ਤਨਾਕਾ ਨੂੰ ਸਿੱਧੇ ਗੇਮ ਵਿੱਚ ਹਰਾ ਕੇ ਛੇ ਸਾਲਾਂ ਵਿੱਚ ਪਹਿਲੀ ਵਾਰ ਕਿਸੇ ਬੀ ਡਬਲਯੂ ਐਫ ਟੂਰਨਾਮੈਂਟ ਦੇ ਪੁਰਸ਼ ਸਿੰਗਲਜ਼ ਫਾਈਨਲ ਵਿੱਚ ਪ੍ਰਵੇਸ਼ ਕੀਤਾ। 2023 ਵਿਸ਼ਵ ਚੈਂਪੀਅਨਸ਼ਿਪ ਦੇ ਚਾਂਦੀ ਦਾ ਤਗਮਾ ਜੇਤੂ ਸ਼੍ਰੀਕਾਂਤ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ, ਜਿਸ ਵਿੱਚ ਸਟੀਕ ਨੈੱਟ ਪਲੇ ਅਤੇ ਹਮਲਾਵਰ ਖੇਡ ਦੀ ਬਦੌਲਤ ਵਿਸ਼ਵ ਦੇ 23ਵੇਂ ਨੰਬਰ ਦੇ ਖਿਡਾਰੀ ਤਨਾਕਾ ਨੂੰ 21-18, 24-22 ਨਾਲ ਹਰਾਇਆ। ਸ਼੍ਰੀਕਾਂਤ 2019 ਇੰਡੀਆ ਓਪਨ ਵਿੱਚ ਉਪ ਜੇਤੂ ਰਿਹਾ ਸੀ ਅਤੇ ਉਦੋਂ ਤੋਂ ਇਹ 32 ਸਾਲਾ ਖਿਡਾਰੀ ਦਾ ਬੀ ਡਬਲਯੂ ਐਫ ਵਿਸ਼ਵ ਟੂਰ ਤੇ ਪਹਿਲਾ ਫਾਈਨਲ ਹੈ। ਉਸਨੇ 2017 ਵਿੱਚ ਚਾਰ ਖਿਤਾਬ ਜਿੱਤੇ। ਸਾਬਕਾ ਵਿਸ਼ਵ ਨੰਬਰ ਇੱਕ ਸ਼੍ਰੀਕਾਂਤ ਪਿਛਲੇ ਕੁਝ ਸੀਜ਼ਨਾਂ ਵਿੱਚ ਖਰਾਬ ਫਾਰਮ ਅਤੇ ਫਿਟਨੈਸ ਦੇ ਦੌਰ ਵਿੱਚੋਂ ਗੁਜ਼ਰ ਰਿਹਾ ਹੈ ਜਿਸ ਕਾਰਨ ਉਹ ਹੁਣ ਵਿਸ਼ਵ ਰੈਂਕਿੰਗ ਵਿੱਚ 65ਵੇਂ ਸਥਾਨ 'ਤੇ ਹੈ।

# ਇੰਗਲੈਂਡ ਦੌਰੇ ਲਈ ਭਾਰਤੀ ਕ੍ਰਿਕਟ ਟੀਮ ਦਾ ਐਲਾਨ, ਸ਼ੁਭਮਨ ਗਿੱਲ ਹੋਣਗੇ ਕਪਤਾਨ

### *ਵਿਕਟਕੀਪਰ ਬੱਲੇਬਾਜ਼ ਰਿਸ਼ਭ ਪੰਤ ਨੂੰ ਭਾਰਤੀ ਟੈਸਟ ਟੀਮ ਦਾ ਉਪ-ਕਪਤਾਨ ਬਣਾਇਆ*

ਮੁੰਬਈ, 24 ਮਈ, (ਚ.ਨ.ਸ.) : ਇੰਗਲੈਂਡ ਵਿੱਚ ਪੰਜ ਮੈਚਾਂ ਦੀ ਲੜੀ ਤੋਂ ਪਹਿਲਾਂ ਸ਼ੁਭਮਨ ਗਿੱਲ ਨੂੰ ਅੱਜ ਭਾਰਤੀ ਟੈਸਟ ਟੀਮ ਦਾ ਕਪਤਾਨ ਨਿਯੁਕਤ ਕੀਤਾ ਗਿਆ ਜਦੋਂ ਕਿ ਰਿਸ਼ਭ ਪੰਤ ਨੂੰ ਉਪ-ਕਪਤਾਨ ਨਿਯੁਕਤ ਕੀਤਾ ਗਿਆ।ਚੋਣਕਾਰਾਂ ਨੇ ਇਹ ਫ਼ੈਸਲਾ ਰੋਹਿਤ ਸ਼ਰਮਾ ਤੇ ਵਿਰਾਟ ਕੋਹਲੀ ਦੇ ਸੰਨਿਆਸ ਲੈਣ ਤੋਂ ਬਾਅਦ ਲਿਆ ਹੈ।ਖੱਬੇ ਹੱਥ ਦੇ ਬੱਲੇਬਾਜ਼ ਤੇ ਨੌਜਵਾਨ ਖਿਡਾਰੀ ਸਾਈ ਸੁਦਰਸ਼ਨ ਨੂੰ ਪਹਿਲੀ ਵਾਰ ਟੈਸਟ ਟੀਮ ਵਿਚ ਸ਼ਾਮਲ ਕੀਤਾ ਗਿਆ ਤੇ ਇਸੇ ਤਰ੍ਹਾਂ ਕਰੁਨ ਨਾਇਰ ਨੇ 7 ਸਾਲਾਂ ਬਾਅਦ ਰਾਸ਼ਟਰੀ ਟੀਮ ਵਿਚ ਮੁੜ ਵਾਪਸੀ ਕੀਤੀ।ਤੇਜ਼ ਗੇਂਦਬਾਜ਼ ਮੁਹੰਮਦ ਸ਼ਮੀ ਨੂੰ ਇਸ ਲਈ ਟੀਮ ਤੋਂ ਬਾਹਰ ਕੀਤਾ ਗਿਆ ਕਿਉਂਕਿ ਉਸ ਦੀ ਫਿੱਟਨੈਸ ਸਹੀ ਨਹੀਂ ਸੀ ਇਸ ਦੇ ਨਾਲ ਹੀ ਉਸ ਦਾ ਆਈਪੀਐਲ ਦਾ ਪ੍ਰਦਰਸ਼ਨ ਵੀ ਚੋਣਕਾਰਾਂ ਨੇ ਜ਼ਰੂਰ ਵਾਚਿਆ ਹੋਵੇਗਾ। ਕਿਉਂਕਿ ਆਈਪੀਐਲ ਦੌਰਾਨ ਮੁਹੰਮਦ ਸ਼ਮੀ ਕੋਈ ਖਾਸ ਕਮਾਲ ਨਹੀਂ ਕਰ ਸਕੇ।ਸ਼ੁਭਮਨ ਗਿੱਲ ਨੂੰ ਟੈਸਟ ਕਪਤਾਨ ਬਣਾਏ ਜਾਣ ਤੇ ਅਗਰਕਰ ਨੇ ਕਿਹਾ, ਉਹ ਨੌਜਵਾਨ ਹੈ, ਅਸੀਂ ਉਸ ਵਿੱਚ ਸੁਧਾਰ ਦੇਖਿਆ ਹੈ, ਇਹ ਬਹੁਤ ਦਬਾਅ ਵਾਲਾ ਕੰਮ ਹੈ ਪਰ ਸਾਨੂੰ ਉਸ ਤੋਂ ਉਮੀਦਾਂ ਹਨ।ਸ਼ਮੀ ਬਾਰੇ ਉਨ੍ਹਾਂ ਕਿਹਾ, ਕਿ ਸ਼ਮੀ ਪੂਰੀ ਤਰ੍ਹਾਂ ਫਿੱਟ ਨਹੀਂ ਹਨ। ਕਿਉਂ ਜੋ ਲੜੀ ਪੰਜ ਮੈਚਾਂ ਦੀ ਹੈ ਇਸ ਲਈ ਅਸੀਂ ਕੋਈ ਵੀ ਅਜਿਹਾ ਖਿਡਾਰੀ ਨਹੀਂ ਚੁਣਨਾ ਚਾਹੁੰਦੇ ਸੀ ਜਿਸ ਨੂੰ ਲੜੀ ਦੇ ਵਿਚਕਾਰ ਫਿੱਟਨੈਸ ਦੀ ਸਮੱਸਿਆ ਆਉਂਦੀ ਹੋਵੇ। ਇਸ ਦੇ ਨਾਲ ਹੀ ਅਰਸ਼ਦੀਪ ਸਿੰਘ ਵੀ ਭਾਰਤੀ ਕ੍ਰਿਕਟ ਟੈਸਟ ਟੀਮ ਵਿਚ ਆਪਣਾ ਡੈਬਿਊ ਕਰ ਰਿਹਾ ਹੈ।



**ਭਾਰਤੀ ਟੀਮ:** ਸ਼ੁਭਮਨ ਗਿੱਲ (ਕਪਤਾਨ), ਰਿਸ਼ਭ ਪੰਤ (ਉਪ ਕਪਤਾਨ), ਯਸ਼ਸਵੀ ਜੈਸਵਾਲ, ਕੇ. ਐੱਲ. ਰਾਹੁਲ, ਸਾਈ ਸੁਦਰਸ਼ਨ, ਅਭਿਮੰਨਯੂ ਐਸਵਾਰਨ, ਕਰੁਨ ਨਾਇਰ, ਨਿਤਿਸ਼ ਕੁਮਾਰ ਰੈਡੀ, ਰਵਿੰਦਰ ਜਡੇਜਾ, ਧਰੁਵ ਜੁਰੇਲ, ਵਾਸ਼ਿੰਗਟਨ ਸੁੰਦਰ, ਸ਼ਰਦੁਲ ਠਾਕੁਰ, ਜਸਪ੍ਰੀਤ ਬੁਮਰਾਹ, ਮੁਹੰਮਦ ਸਿਰਾਜ, ਪ੍ਰਸਿੱਧ ਕ੍ਰਿਸ਼ਨਾ, ਅਕਾਸ਼ਦੀਪ, ਅਰਸ਼ਦੀਪ ਸਿੰਘ, ਕੁਲਦੀਪ ਯਾਦਵ।

## ਕਾਮਿਲਾ ਰਾਖਿਮੋਵਾ ਖ਼ਿਲਾਫ਼ ਮੈਚ ਨਾਲ ਫ੍ਰੈਂਚ ਓਪਨ ਮੁਹਿੰਮ ਦੀ ਸ਼ੁਰੂਆਤ ਕਰੇਗੀ ਸਬਾਲੇਂਕਾ

ਪੈਰਿਸ, 24 ਮਈ (ਚ.ਨ.ਸ.) : ਵਿਸ਼ਵ ਦੀ ਨੰਬਰ ਇੱਕ ਖਿਡਾਰਨ ਆਰੀਨਾ ਸਬਾਲੇਂਕਾ ਨੇ ਫ੍ਰੈਂਚ ਓਪਨ ਦੇ ਮਹਿਲਾ ਸਿੰਗਲਜ਼ ਵਿੱਚ ਐਤਵਾਰ ਨੂੰ ਰੂਸ



ਦੀ ਕਾਮਿਲਾ ਰਾਖਿਮੋਵਾ ਖਿਲਾਫ ਆਪਣੀ ਮੁਹਿੰਮ ਦੀ ਸ਼ੁਰੂਆਤ ਕਰੇਗੀ। ਸਬਾਲੇਂਕਾ ਨੂੰ ਡਰਾਅ ਦੇ ਉਸੇ ਹਿੱਸੇ ਵਿੱਚ ਰੱਖਿਆ ਗਿਆ ਹੈ ਜਿਸ ਵਿੱਚ ਪੰਜਵਾਂ ਦਰਜਾ ਪ੍ਰਾਪਤ ਪੋਲਿਸ਼ ਖਿਡਾਰਨ ਇਗਾ ਸਵੈਟੇਕ ਹੈ। 27 ਸਾਲਾ ਬੇਲਾਰੂਸੀ ਖਿਡਾਰੀ ਨੇ ਮਿਆਮੀ ਅਤੇ ਮੈਡ੍ਰਿਡ ਵਿੱਚ ਦੋ ਖਿਤਾਬ ਜਿੱਤੇ ਹਨ, ਨਾਲ ਹੀ ਆਸਟ੍ਰੇਲੀਅਨ ਓਪਨ, ਇੰਡੀਅਨ ਵੇਲਜ਼ ਅਤੇ ਸਟਟਗਾਰਟਰ ਵਿੱਚ ਤਿੰਨ ਹੋਰ ਫਾਈਨਲ ਵਿੱਚ ਵੀ ਪਹੁੰਚੀ ਹੈ। ਇਸ ਸੀਜ਼ਨ ਵਿੱਚ ਤਿੰਨ ਵਾਰ ਦੀ ਮੌਜੂਦਾ ਚੈਂਪੀਅਨ ਇਗਾ ਸਵੈਟੇਕ ਦੇ ਕਲੇਅ ਦੇ ਮੈਦਾਨ ਤੇ ਸੰਘਰਸ਼ਾਂ ਨੇ ਸਬਾਲੇਂਕਾ ਦਾ ਹੱਥ ਮਜ਼ਬੂਤ ਕੀਤਾ ਹੈ। ਸਬਾਲੇਂਕਾ ਨੇ ਕਿਹਾ, ਇਹ ਜਾਣ ਕੇ ਕਿ ਕੋਈ ਮੇਰਾ ਪਿੱਛਾ ਕਰ ਰਿਹਾ ਹੈ ਜਾਂ ਮੇਰੀ ਪਿੱਠ ਤੇ ਕੋਈ ਨਿਸ਼ਾਨਾ ਲਗਾ ਰਿਹਾ ਹੈ, ਮੈਨੂੰ ਇਹ ਪਸੰਦ ਹੈ, ਮੈਂ ਇਸਨੂੰ ਇੱਕ ਚੁਣੌਤੀ ਵਜੋਂ ਲੈਂਦੀ ਹਾਂ। ਦੇਖਦੇ ਹਾਂ ਕਿ ਦਬਾਅ ਵਾਲੇ ਪਲਾਂ ਲਈ ਕੌਣ ਤਿਆਰ ਹੈ। ਸਬਾਲੇਂਕਾ ਪਿਛਲੇ ਸਾਲ ਕੁਆਰਟਰ ਫਾਈਨਲ ਵਿੱਚ ਪੇਟ ਦੀ ਸਮੱਸਿਆ ਤੋਂ ਪੀੜਤ ਹੋਣ ਕਾਰਨ ਰੂਸੀ ਕਿਸ਼ੋਰ ਮੀਰਾ ਐਂਡਰੀਵਾ ਤੋਂ ਹਾਰ ਗਈ ਸੀ।

# ਲਾਕੜਾ ਭਾਰਤੀ ਜੂਨੀਅਰ ਪੁਰਸ਼ ਹਾਕੀ ਟੀਮ ਦੇ ਸਹਾਇਕ ਕੋਚ ਨਿਯੁਕਤ

ਨਵੀਂ ਦਿੱਲੀ, 24 ਮਈ (ਚ.ਨ.ਸ.) : ਹਾਕੀ ਇੰਡੀਆ ਨੇ ਸ਼ਨੀਵਾਰ ਨੂੰ ਕਿਹਾ ਕਿ ਸਾਬਕਾ ਡਿਫੈਂਡਰ ਬੀਰੇਂਦਰ ਲਾਕੜਾ ਨੂੰ ਇਸ ਸਾਲ ਦੇ ਅੰਤ ਵਿੱਚ ਹੋਣ ਵਾਲੇ ਜੂਨੀਅਰ ਵਿਸ਼ਵ ਕੱਪ ਤੋਂ ਪਹਿਲਾਂ ਭਾਰਤੀ ਜੂਨੀਅਰ ਪੁਰਸ਼ ਹਾਕੀ ਟੀਮ ਦਾ ਸਹਾਇਕ ਕੋਚ ਨਿਯੁਕਤ ਕੀਤਾ ਗਿਆ ਹੈ। 35 ਸਾਲਾ ਲਾਕੜਾ ਸਾਬਕਾ ਸਟਾਰ ਗੋਲਕੀਪਰ ਅਤੇ ਟੀਮ ਦੇ ਮੁੱਖ ਕੋਚ ਪੀਆਰ ਸ਼੍ਰੀਜੇਸ਼ ਨਾਲ ਮਿਲ ਕੇ ਕੰਮ ਕਰੇਗਾ। ਲਾਕੜਾ ਨੇ ਇੱਥੇ ਜਾਰੀ ਇੱਕ ਰਿਲੀਜ਼ ਵਿੱਚ ਕਿਹਾ, ਇੰਨੇ ਮਹੱਤਵਪੂਰਨ ਸਮੇਂ ਤੇ ਭਾਰਤੀ ਜੂਨੀਅਰ ਪੁਰਸ਼ ਟੀਮ ਦਾ ਹਿੱਸਾ ਬਣਨਾ ਮੇਰੇ ਲਈ ਬਹੁਤ ਸਨਮਾਨ ਦੀ ਗੱਲ ਹੈ। ਮੈਨੂੰ ਪਤਾ ਹੈ ਕਿ ਭਾਰਤੀ ਜਰਸੀ ਪਹਿਨਣ ਲਈ ਕੀ ਕਰਨਾ ਪੈਂਦਾ ਹੈ। ਮੈਂ ਹੁਣ ਖਿਡਾਰੀਆਂ ਦੀ ਅਗਲੀ ਪੀੜ੍ਹੀ ਨੂੰ ਵੱਡੇ ਪੜਾਅ ਲਈ ਤਿਆਰ ਕਰਨ ਵਿੱਚ ਮਦਦ ਕਰਨ ਲਈ ਉਤਸੁਕ ਹਾਂ। ਲਾਕੜਾ ਨੇ ਕਿਹਾ, ਸ਼੍ਰੀਜੇਸ਼ ਵਰਗੇ ਮਹਾਨ ਖਿਡਾਰੀ ਨਾਲ ਕੰਮ ਕਰਨਾ ਇੱਕ ਦਿਲਚਸਪ ਚੁਣੌਤੀ ਹੈ। ਉਹ ਇੱਕ ਵਧੀਆ ਸਾਥੀ ਅਤੇ ਪ੍ਰੇਰਨਾ ਸਰੋਤ ਰਿਹਾ ਹੈ। ਅਸੀਂ ਆਉਣ ਵਾਲੇ ਟੂਰਨਾਮੈਂਟਾਂ ਲਈ ਇੱਕ ਨਿਡਰ ਅਤੇ ਚੰਗੀ ਤਰ੍ਹਾਂ ਤਿਆਰ ਟੀਮ ਬਣਾਉਣ ਲਈ ਵਚਨਬੱਧ ਹਾਂ, ਖਾਸ ਕਰਕੇ ਇਸ ਸਾਲ ਦੇ ਅੰਤ ਵਿੱਚ ਸਭ ਤੋਂ ਮਹੱਤਵਪੂਰਨ ਜੂਨੀਅਰ ਵਿਸ਼ਵ ਕੱਪ। ਭਾਰਤੀ ਟੀਮ 28 ਨਵੰਬਰ ਤੋਂ 10 ਦਸੰਬਰ ਤੱਕ ਚੇਨਈ ਅਤੇ ਮਦੁਰਾਈ ਵਿੱਚ ਹੋਣ ਵਾਲੇ ਜੂਨੀਅਰ ਪੁਰਸ਼ ਵਿਸ਼ਵ ਕੱਪ ਲਈ ਤਿਆਰੀ ਕਰ ਰਹੀ ਹੈ ਅਤੇ ਲਾਕੜਾ ਤੋਂ ਖੇਡ ਦੇ ਹੋਰ ਪਹਿਲੂਆਂ ਤੇ ਕੰਮ ਕਰਨ ਦੇ ਨਾਲ-ਨਾਲ ਟੀਮ ਦੇ ਡਿਫੈਂਸ ਨੂੰ ਮਜ਼ਬੂਤ ਕਰਨ ਦੀ ਉਮੀਦ ਹੈ। ਸ਼੍ਰੀਜੇਸ਼ ਨੇ ਕਿਹਾ, ਬੀਰੇਂਦਰ ਦਾ ਸਾਡੇ ਨਾਲ ਜੁੜਨਾ ਇੱਕ ਵੱਡਾ ਕਦਮ ਹੈ। ਲਾਕੜਾ ਨੇ 2010 ਵਿੱਚ ਭਾਰਤ ਲਈ ਆਪਣਾ ਡੈਬਿਊ ਕੀਤਾ ਸੀ ਅਤੇ ਦੇਸ਼ ਦੇ ਸਭ ਤੋਂ ਭਰੋਸੇਮੰਦ ਡਿਫੈਂਡਰਾਂ ਵਿੱਚੋਂ ਇੱਕ ਵਜੋਂ ਉਭਰਿਆ।




# ਜਥੇਦਾਰ ਦਾਦੂਵਾਲ ਅਤੇ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ ਬਾਦਲਕੇ ਬਹੁਮਤ ਨਾਲ ਪਛਾੜ ਕੇ ਬਣਾਈ 11 ਮੈਂਬਰੀ ਕਾਰਜਕਾਰਨੀ

ਕੁਰੂਕਸ਼ੇਤਰ, 24 ਮਈ, (ਅੰਮ੍ਰਿਤਪਾਲ ਸਿੰਘ) : ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੂੰ ਬਹੁਮੱਤ ਨਾਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁਖੀ ਚੁਣਿਆ ਗਿਆ ਹੈ। ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਪ੍ਰੋਟੇਮ ਚੇਅਰਮੈਨ ਜੋਗਾ ਸਿੰਘ ਦੀ ਨਿਗਰਾਨੀ ਹੇਠ ਹੋਈਆਂ ਹਰਿਆਣਾ ਕਮੇਟੀ ਚੋਣਾਂ ਵਿੱਚ 48 ਮੈਂਬਰਾਂ ਨੇ ਹਿੱਸਾ ਲਿਆ। ਜਦੋਂ ਕਿ ਬੀਬੀ ਜਸਬੀਰ ਕੌਰ ਮਸਾਣਾ ਨੇ ਚੋਣ ਪ੍ਰਕਿਰਿਆ ਵਿੱਚ ਹਿੱਸਾ ਨਹੀਂ ਲਿਆ। ਸਭ ਤੋਂ ਪਹਿਲਾਂ ਹਰਿਆਣਾ ਕਮੇਟੀ ਦੇ ਮੈਂਬਰ ਮੇਜਰ ਸਿੰਘ ਨੇ ਮੁਖੀ ਦੇ ਅਹੁਦੇ ਲਈ ਜਗਦੀਸ਼ ਸਿੰਘ ਝੀਂਡਾ ਦੇ ਨਾਮ ਦਾ ਐਲਾਨ ਕੀਤਾ। ਜਿਸ ਤੋਂ ਬਾਅਦ ਦੀਵਾਨ ਹਾਲ ਵਿੱਚ ਬੋਲੇ ਸੋ ਨਿਹਾਲ ਸਤਿ ਸ਼੍ਰੀ ਅਕਾਲ ਦੇ ਜੈਕਾਰਿਆਂ ਦੀ ਆਵਾਜ਼ ਗੂੰਜ ਉੱਠੀ। ਜਦੋਂ ਪ੍ਰੋਟੇਮ ਚੇਅਰਮੈਨ ਜੋਗਾ ਸਿੰਘ ਨੇ ਪ੍ਰਧਾਨ ਦੇ ਅਹੁਦੇ ਲਈ ਕਿਸੇ ਹੋਰ ਦੇ ਨਾਮ ਦਾ ਐਲਾਨ ਕਰਨ ਦੀ ਗੱਲ ਕੀਤੀ ਤਾਂ ਥਾਨੇਸਰ ਤੋਂ ਮੈਂਬਰ ਹਰਮਨਪ੍ਰੀਤ ਸਿੰਘ ਨੇ ਪ੍ਰਧਾਨ ਦੇ ਅਹੁਦੇ ਲਈ ਪ੍ਰਕਾਸ਼ ਸਿੰਘ ਸਾਹੂਵਾਲ ਦੇ ਨਾਮ ਦਾ ਐਲਾਨ ਕੀਤਾ। ਪਰ ਹਰਿਆਣਾ ਕਮੇਟੀ ਦੇ ਕੋਆਪਟ ਮੈਂਬਰ ਜਥੇਦਾਰ ਬਲਜੀਤ ਸਿੰਘ



ਦਾਦੂਵਾਲ ਸਮੇਤ 30 ਮੈਂਬਰਾਂ ਨੇ ਜਥੇਦਾਰ ਜਗਦੀਸ਼ ਸਿੰਘ ਝੀਂਡਾ ਦੇ ਸਮਰਥਨ ਵਿੱਚ ਹੱਥ ਖੜ੍ਹੇ ਕਰਕੇ ਸਰਬਸੰਮਤੀ ਨਾਲ ਫੈਸਲਾ ਪ੍ਰਗਟ ਕੀਤਾ। ਇਸ ਤੋਂ ਬਾਅਦ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵੇਂ ਚੁਣੇ ਗਏ ਮੁਖੀ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ 11 ਮੈਂਬਰੀ ਕਾਰਜਕਾਰੀ ਕਮੇਟੀ ਦਾ ਐਲਾਨ ਕੀਤਾ। ਉਨ੍ਹਾਂ ਨੇ ਗੁਰਮੀਤ ਸਿੰਘ ਮੀਤਾ ਨੂੰ ਸੀਨੀਅਰ ਮੀਤ ਪ੍ਰਧਾਨ, ਸ.ਗੁਰਬੀਰ ਸਿੰਘ ਨੂੰ ਮੀਤ ਪ੍ਰਧਾਨ, ਸ.ਅੰਗਰੇਜ਼ ਸਿੰਘ ਨੂੰ ਜਨਰਲ ਸਕੱਤਰ, ਸ.ਬਲਵਿੰਦਰ ਸਿੰਘ ਨੂੰ ਸੰਯੁਕਤ ਸਕੱਤਰ ਚੁਣਿਆ।ਜਦੋਂ ਕਿ ਸ.ਕਰਨੈਲ ਸਿੰਘ ਨਿਮਾਨਾਬਾਦ, ਸ.ਪਲਵਿੰਦਰ ਸਿੰਘ , ਸ.ਕੁਲਦੀਪ ਸਿੰਘ ਮੁਲਤਾਨੀ, ਸ.ਰੁਪਿੰਦਰ ਸਿੰਘ ਪੰਜੋਖਰਾ ਸਾਹਿਬ, ਸ.ਜਗਤਾਰ ਸਿੰਘ ਮਾਨ ਅਤੇ ਸ. ਤਜਿੰਦਰਪਾਲ ਸਿੰਘ ਨਾਰਨੌਲ ਨੂੰ ਕਾਰਜਕਾਰਨੀ ਮੈਂਬਰ ਚੁਣਿਆ ਗਿਆ। ਜਿਵੇਂ ਹੀ ਇਨ੍ਹਾਂ ਅਹੁਦੇਦਾਰਾਂ ਅਤੇ ਕਾਰਜਕਾਰੀ ਕਮੇਟੀ ਦੇ ਮੈਂਬਰਾਂ ਦੇ ਨਾਵਾਂ ਦਾ ਐਲਾਨ ਕੀਤਾ ਗਿਆ, ਦੀਵਾਨ ਹਾਲ ਵਿੱਚ ਮੌਜੂਦ 30 ਮੈਂਬਰਾਂ ਨੇ ਬੋਲੇ ਸੋ ਨਿਹਾਲ ਸਤਿ ਸ਼੍ਰੀ ਅਕਾਲ ਦੀ ਗੂੰਜ ਨਾਲ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।

ਚੋਣ ਪ੍ਰਕਿਰਿਆ ਤੋਂ ਬਾਅਦ, ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਇਕੱਠ ਅਤੇ ਮੈਂਬਰਾਂ ਨੂੰ ਸੰਬੋਧਨ ਕੀਤਾ ਅਤੇ ਹਰਿਆਣਾ ਕਮੇਟੀ ਦੇ ਸੰਘਰਸ਼ ਦੀ ਕਹਾਣੀ ਦੇ ਕੁਝ ਪਲ ਸਾਂਝੇ ਕੀਤੇ। ਉਨ੍ਹਾਂ ਦੱਸਿਆ ਕਿ ਕਿਵੇਂ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਹਰਿਆਣਾ ਕਮੇਟੀ ਦੇ ਵਜੂਦ ਵਿੱਚ ਰੁਕਾਵਟਾਂ ਖੜ੍ਹੀਆਂ ਕੀਤੀਆਂ। ਪਰ ਉਨ੍ਹਾਂ ਖੁਸ਼ੀ ਪ੍ਰਗਟ ਕੀਤੀ ਕਿ ਲੰਬੇ ਸੰਘਰਸ਼ ਤੋਂ ਬਾਅਦ, ਹਰਿਆਣਾ ਕਮੇਟੀ ਹੁਣ ਪੂਰੀ ਤਰ੍ਹਾਂ ਹੋਂਦ ਵਿੱਚ ਆ ਗਈ ਹੈ।

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਜਗਦੀਸ਼ ਸਿੰਘ ਝੀਂਡਾ ਨੂੰ ਪ੍ਰਧਾਨ ਬਣਨ ਅਤੇ ਸਮੁੱਚੀ ਕਾਰਜਕਰਨੀ ਨੂੰ ਵਧਾਈ ਦਿੱਤੀ**

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੋਆਪਟ ਮੈਂਬਰ ਅਤੇ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਜਗਦੀਸ਼ ਸਿੰਘ ਝੀਂਡਾ ਨੂੰ ਪ੍ਰਧਾਨ ਬਣਨ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਹਰਿਆਣਾ ਕਮੇਟੀ ਦੀ ਪਹਿਲੀ ਚੋਣ ਪੂਰੀ ਹੋ ਗਈ ਹੈ ਅਤੇ ਇਹ ਇੱਕ ਖੁਸ਼ੀ ਅਤੇ ਸੁਨਹਿਰੀ ਪਲ ਹੈ ਕਿ ਪ੍ਰਧਾਨ ਜਗਦੀਸ਼ ਸਿੰਘ ਝੀਂਡਾ, ਜੋ ਲੰਬੇ ਸਮੇਂ ਤੋਂ ਆਪਣੀ ਆਵਾਜ਼ ਬੁਲੰਦ ਕਰ ਰਹੇ ਸਨ ਅਤੇ ਸੂਬੇ ਦੀ ਵੱਖਰੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਲੜ ਰਹੇ ਸਨ, ਇਸ ਦੇ ਪ੍ਰਧਾਨ ਬਣ ਗਏ ਹਨ। ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ ਜਥੇਦਾਰ ਦਾਦੂਵਾਲ ਜੀ ਸਮੇਤ ਸਾਰੇ ਮੈਂਬਰ ਸਹਿਬਾਨ ਦਾ ਧੰਨਵਾਦ ਕੀਤਾ ਝੀਂਡਾ ਜੀ ਨੇ ਕਿਹਾ ਮੈਂ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਵਾਂਗਾ।ਉਨ੍ਹਾਂ ਕਿਹਾ ਕਿ ਲੰਬੇ ਸੰਘਰਸ਼ ਤੋਂ ਬਾਅਦ ਹਰਿਆਣਾ ਕਮੇਟੀ ਹੋਂਦ ਵਿੱਚ ਆਈ ਅਤੇ ਹੁਣ ਪਹਿਲੀ ਚੋਣ ਤੋਂ ਬਾਅਦ ਉਨ੍ਹਾਂ ਨੂੰ ਬਹੁਮਤ ਨਾਲ ਪ੍ਰਧਾਨ ਚੁਣਿਆ ਗਿਆ ਹੈ। ਉਹ ਗੁਰੂ ਘਰ ਦੀ ਸੇਵਾ ਪੂਰੀ ਸ਼ਰਧਾ ਨਾਲ ਕਰਨਗੇ। ਮੁਖੀ ਬਣਨ ਤੋਂ ਬਾਅਦ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫ਼ਤਰ ਪਹੁੰਚੇ। ਇੱਥੇ ਉਨ੍ਹਾਂ ਦਾ ਕੁਝ ਮੈਂਬਰਾਂ ਅਤੇ ਉਨ੍ਹਾਂ ਦੇ ਸਮਰਥਕਾਂ ਨੇ ਸਵਾਗਤ ਕੀਤਾ। ਜਗਦੀਸ਼ ਸਿੰਘ ਝੀਂਡਾ ਨੂੰ ਫੁੱਲਾਂ ਦਾ ਗੁਲਦਸਤਾ ਅਤੇ ਮਠਿਆਈਆਂ ਭੇਟ ਕਰਨ ਤੋਂ ਬਾਅਦ ਪ੍ਰਧਾਨ ਦੀ ਕੁਰਸੀ 'ਤੇ ਬਿਠਾਇਆ ਗਿਆ। ਇਸ ਤੋਂ ਬਾਅਦ ਹਰਿਆਣਾ ਕਮੇਟੀ ਦੇ ਮੁੱਖ ਸਕੱਤਰ ਸ.ਜਸਵਿੰਦਰ ਸਿੰਘ ਦੀਨਪੁਰ,ਧਰਮ ਪ੍ਰਚਾਰ ਸਕੱਤਰ ਸਰਬਜੀਤ ਸਿੰਘ ਜੰਮੂ, ਵਧੀਕ ਸਕੱਤਰ ਰਾਜਪਾਲ ਸਿੰਘ ਦੁਨੀਆ ਮਾਜਰਾ, ਸਤਪਾਲ ਸਿੰਘ ਡਾਚਰ, ਮੀਤ ਸਕੱਤਰ ਅਮਰਿੰਦਰ ਸਿੰਘ ਅਤੇ ਸ.ਰੁਪਿੰਦਰ ਸਿੰਘ ਨੇ ਵੀ ਪ੍ਰਧਾਨ ਜੀ ਦਾ ਸਵਾਗਤ ਕੀਤਾ।

# ਪੰਜਾਬੀ ਟੈਲੀ ਫ਼ਿਲਮ 'ਇੱਕ ਲੰਬਾ ਜਿਹਾ ਹਾਉਕਾ' ਦਾ ਪਹਿਲਾ ਪ੍ਰਦਰਸ਼ਨ ਮੈਲਬਰਨ ਵਿਖੇ ਹੋਇਆ

ਮੈਲਬਰਨ, 24 ਮਈ (ਚ.ਨ.ਸ.) : ਕੈਨੇਡਾ ਰਹਿੰਦੇ ਪੰਜਾਬੀ ਲੇਖਕ ਰਵਿੰਦਰ ਸਿੰਘ ਸੋਢੀ ਦੀ ਪੰਜਾਬੀ




ਕਹਾਣੀ 'ਤੇ ਬਣੀ ਪੰਜਾਬੀ ਟੈਲੀ ਫਿਲਮ 'ਇਕ ਲੰਬਾ ਜਿਹਾ ਹਉਕਾ' ਦਾ ਪਰੀਮੀਅਰ ਸ਼ੋਅ ਮੈਲਬਰਨ ਸਥਿਤ ਚਰਚ ਆਫ ਸਾਇਨਟੌਲੋਜੀ ਵਿਖੇ ਬੀਤੇ ਐਤਵਾਰ ਨੂੰ ਹੋਇਆ। ਤਕਰੀਬਨ 200 ਮਹਿਮਾਨ ਹਾਜ਼ਰ ਸਨ। 45 ਮਿੰਟ ਦੀ ਇਸ ਫਿਲਮ ਵਿਚ ਇਹ ਦਿਖਾਉਣ ਦਾ ਯਤਨ ਕੀਤਾ ਗਿਆ ਕਿ ਇਨਸਾਨ ਦੀ ਜ਼ਿੰਦਗੀ ਵਿਚ ਕੁਝ ਵੀ ਨਿਸ਼ਚਿਤ ਨਹੀਂ ਹੈ। ਅਗਲੇ ਪਲ ਕੀ ਹੋਣਾ ਹੈ, ਇਸਦਾ ਅੰਦਾਜ਼ਾ ਕੋਈ ਨਹੀਂ ਲਾ ਸਕਦਾ। ਫਿਲਮ ਦੇ ਪਰਦਰਸ਼ਨ ਦੇ ਦੌਰਾਨ ਔਰਤਾਂ ਦੇ ਮਰਦਾਂ ਦੀਆਂ ਸਿਸਕੀਆਂ ਦੀ ਆਵਾਜ਼ ਆਉਂਦੀ ਰਹੀ। ਕੈਂਸਰ ਦੀ ਮਰੀਜ਼ ਦੇ ਰੋਲ ਵਿਚ ਉਸਦੇ ਗੱਲਬਾਤ ਕਰਨ ਦਾ ਲਹਿਜਾ, ਤੁਰਨ ਫਿਰਨ ਦਾ ਢੰਗ, ਚਿਹਰੇ ਦੇ ਹਾਵ-ਭਾਵ ਸਾਰੇ ਹੀ ਇਕ ਅਸਲੀ ਮਰੀਜ਼ ਵਾਲੇ ਲੱਗ ਰਹੇ ਸੀ। ਸਤਿੰਦਰ ਸਿੰਘ ਚਾਵਲਾ, ਸਤਪਾਲ ਦੇ ਰੂਪ ਵਿਚ ਆਪਣੇ ਕਿਰਦਾਰ ਨੂੰ ਪਰਦੇ 'ਤੇ ਸਜੀਵ ਕੀਤਾ। ਜਦੋਂ ਉਹ ਕਿਸੇ ਵਰਕਸ਼ਾਪ ਵਿਚ ਤਰਖਾਣ ਦਾ ਕੰਮ ਕਰਦੇ ਦਿਖਾਈ ਦਿੰਦੇ ਤਾਂ ਅਸਲ ਵਿਚ ਹੀ ਮਿਸਤਰੀ ਲੱਗਦੇ, ਜਦੋਂ ਚਾਰਟੇਡ ਅਰਾਊਂਟੈਂਟ ਬਣ ਕੇ ਦਫਤਰ ਵਿਚ ਬੈਠਦੇ ਤਾਂ ਉਹਨਾਂ ਦਾ ਚਿਹਰਾ ਹੀ ਉਹਨਾਂ ਦੇ ਅਹੁਦੇ ਦੀ ਹਾਮੀ ਭਰਦਾ ਅਤੇ ਜਦੋਂ ਆਪਣੀ ਕੈਂਸਰ ਪੀੜਤ ਪਤਨੀ ਦੀ ਦੇਖ-ਭਾਲ ਕਰਦੇ ਤਾਂ ਉਹਨਾਂ ਦੇ ਚਿਹਰੇ ਤੋਂ ਉਹਨਾਂ ਦਾ ਅੰਦਰਲਾ ਦੁੱਖ ਆਪ ਹੀ ਬਾਹਰ ਆਉਂਦਾ। ਦੂਜੇ ਕਲਾਕਾਰਾਂ ਵਿਚੋਂ ਸ਼ਮਾ ਭੰਗੂ ਨੇ ਪ੍ਰੀਤੀ ਦੇ ਕਿਰਦਾਰ ਨੂੰ ਦਮਦਾਰ ਢੰਗ ਨਾਲ ਪੇਸ਼ ਕੀਤਾ। ਡਾ ਭਜਨ ਪ੍ਰੀਤ, ਜਤਨ, ਬੂਟਾ ਸਿੰਘ, ਆਦਿ ਵੀ ਆਪਣੀ ਪਹਿਚਾਣ ਬਣਾਉਣ ਵਿਚ ਸਫਲ ਹੋਏ।ਫਿਲਮ ਦੀ ਤਕਨੀਕੀ ਟੀਮ ਨੇ ਵੀ ਫਿਲਮ ਨੂੰ ਤਕਨੀਕੀ ਤੌਰ ਤੇ ਯਾਦਗਾਰੀ ਬਣਾ ਦਿੱਤਾ। ਮਨਦੀਪ ਢੀਂਡਸਾ(ਨਿਰਦੇਸ਼ਕ ਅਤੇ ਫ਼ੋਟੋਗ੍ਰਾਫ਼ੀ), ਪਟ ਕਥਾ(ਸਤਿੰਦਰ ਚਾਵਲਾ ਅਤੇ ਮਨਦੀਪ ਢੀਂਡਸਾ), ਐਡੀਟਰ(ਪਾਰਸ ਨਾਗਪਾਲ), ਆਰਟ ਡਾਇਰੈਕਟਰ( ਜਸਵਿੰਦਰ ਚਾਵਲਾ), ਗੀਤ(ਪਾਵੀ), ਸੰਗੀਤ (ਗੁਰ ਹਰਮੀਤ ਅਤੇ ਵਿਕਾਸ ਢੱਲ)। ਫਿਲਮ ਦਾ ਨਿਰਮਾਣ ਸਤਿੰਦਰ ਸਿੰਘ ਚਾਵਲਾ ਨੇ ਕੀਤਾ। ਕਹਾਣੀਕਾਰ ਰਵਿੰਦਰ ਸਿੰਘ ਸੋਢੀ ਨੇ ਸਾਰੀ ਟੀਮ ਨੂੰ ਮੁਬਾਰਕਬਾਦ ਦਿੱਤੀ।

## ਜਨਮ ਦਿਨ ਮੁਬਾਰਕ



ਪ੍ਰਦੁਮਨ



ਮੁਸਕਾਨ

# ਕੌਮੀ ਲੋਕ ਅਦਾਲਤ 'ਚ 11597 ਕੇਸਾਂ ਦਾ ਕੀਤਾ ਨਿਪਟਾਰਾ



ਫਿਰੋਜ਼ਪੁਰ 24 ਮਈ (ਤਿਵਾੜੀ): ਮਾਨਯੋਗ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਰੇ ਹਿੰਦੁਸਤਾਨ ਵਿੱਚ ਕੌਮੀ ਲੋਕ ਅਦਾਲਤ ਲਗਾਈ ਗਈ। ਇਨ੍ਹਾਂ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਨਯੋਗ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੋਹਾਲੀ ਜੀ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸ਼ ?ਰੀ ਸੁਮੀਤ ਮਲਹੋਤਰਾ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਸਾਹਿਬ ਫਿਰੋਜ਼ਪੁਰ ਜੀ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਫਿਰੋਜ਼ਪੁਰ ਜ਼ਿਲ੍ਹੇ ਦੀਆਂ ਅਦਾਲਤਾਂ ਵਿੱਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ ਜਿਸ ਦੇ ਤਹਿਤ ਜ਼ਿਲ੍ਹਾ ਫਿਰੋਜਪੁਰ ਵਿੱਚ ਕੁੱਲ 27 ਬੈਂਚ ਬਣਾਏ ਗਏ ਜਿਹਨਾਂ ਵਿੱਚ ਸੈਸ਼ਨ ਡਵੀਜਨ, ਫਿਰੋਜਪੁਰ ਦੀਆਂ ਅਦਾਲਤਾਂ ਵਿੱਚ 11 ਬੈਂਚ, ਸਥਾਈ ਲੋਕ ਅਦਾਲਤ ਵਿਖੇ 1 ਬੈਂਚ, ਜੀਰਾ ਵਿਖੇ 3 ਬੈਂਚ ਅਤੇ ਗੁਰੂਹਰਸਹਾਏ ਵਿਖੇ 2 ਬੈਂਚ ਬਣਾਏ ਗਏ ਹਨ। ਇਸ ਦੇ ਨਾਲ ਹੀ ਰੈਵਿਨਿਊ ਕੇਸਾਂ ਲਈ 10 ਬੈਂਚ ਬਣਾਏ ਗਏ।

ਜਾਣਕਾਰੀ ਮੁਤਾਬਕ ਇਸ ਲੋਕ ਅਦਾਲਤ ਵਿੱਚ ਕੁੱਲ 21098 ਕੇਸ ਲਗਾਏ ਗਏ ਜਿਹਨਾਂ ਵਿੱਚੋਂ 11597 ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਲੋਕ ਅਦਾਲਤ ਵਿੱਚ ਵੱਖ-ਵੱਖ ਤਰ੍ਹਾਂ ਦੇ ਕੇਸਾਂ ਦਾ ਜਿਵੇਂ ਕਿ ਦੀਵਾਨੀ ਕੇਸ, ਰਾਜੀਨਾਮਾ ਹੋਣ ਯੋਗ ਫੌਜਦਾਰੀ ਕੇਸ, ਚੈੱਕ ਬਾਊਂਸ, ਰਿਕਵਰੀ ਦੇ ਕੇਸ, ਟ ?ਰੈਫਿਕ ਚਲਾਨ ਅਤੇ ਘਰੇਲੂ ਝਗੜਿਆਂ ਦੇ ਕੇਸ, ਇਖਰਾਜ ਰਿਪੋਰਟਾਂ, ਅਦਮਪਤਾ ਰਿਪੋਰਟਾਂ, ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਕੇਸ ਅਤੇ ਪ੍ਰੀ ਲਿਟੀਗੇਟਿਵ ਕੇਸ ਜਿਨ੍ਹਾਂ ਵਿੱਚ ਬੈਂਕ ਰਿਕਵਰੀ ਪ੍ਰਾਈਵੇਟ ਫਾਇਨਾਂਸ ਕੰਪਨੀ, ਮੋਬਾਇਲ ਅਤੇ ਟੈਲੀਫੋਨ ਕੰਪਨੀਆਂ ਦੇ ਕੇਸਾਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਦੇ ਨਾਲ ਕੀਤਾ ਗਿਆ।

ਲੋਕ ਅਦਾਲਤ ਵਿੱਚ ਆਉਣ ਵਾਲੇ ਲੋਕਾਂ ਦੀ ਮਦਦ ਅਤੇ ਪੁੱਛ—ਗਿੱਛ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ ਵੱਲੋਂ ਜ਼ਿਲ੍ਹਾ ਕੋਰਟ ਕੰਪਲੈਕਸ, ਫਿਰੋਜਪੁਰ ਦੇ ਪਬਲਿਕ ਐਂਟਰੀ ਗੇਟ ਉੱਪਰ ਇੱਕ ਹੈਲਪ ਡੈਸਕ ਵੀ ਲਗਾਇਆ ਗਿਆ ਤਾਂ ਜੋ ਲੋਕਾਂ ਨੂੰ ਸੁਖਾਲਾ ਕੀਤਾ ਜਾ ਸਕੇ। ਇਸੇ ਤਰ੍ਹਾਂ ਹੀ ਦੋਨਾਂ ਸਬ—ਡਵੀਜਨਾਂ ਜ਼ੀਰਾ ਤੇ ਗੁਰੂਹਰਸਹਾਏ ਵਿਖੇ ਵੀ ਹੈਲਪ ਡੈਸਕ ਲਗਾਏ ਗਏ।

ਲੋਕ ਅਦਾਲਤ ਵਿੱਚ ਫੈਸਲਾ ਹੋਏ ਕੇਸਾਂ ਦੀ ਕੋਈ ਅਪੀਲ ਦਲੀਲ ਨਹੀਂ ਹੈ। ਲੋਕ ਅਦਾਲਤ ਵਿੱਚ ਹੋਏ ਫੈਸਲੇ ਨੂੰ ਡਿਕਰੀ ਦੀ ਮਾਨਤਾ ਪ੍ਰਾਪਤ ਹੈ ਤੇ ਇਹ ਫੈਸਲੇ ਤਸੱਲੀਬਖਸ਼ ਹੁੰਦੇ ਹਨ ਤੇ ਧਿਰਾਂ ਨੂੰ ਮੁੱਕਦਮੇ ਬਾਜੀ ਤੋਂ ਮੁਕਤੀ ਮਿਲਦੀ ਹੈ ਤੇ ਹੋਰ ਕਈ ਮਾਨਸਿਕ ਪਰੇਸ਼ਾਨੀਆਂ ਤੋਂ ਧਿਰਾਂ ਨੂੰ ਮੁਕਤੀ ਮਿਲਦੀ ਹੈ। ਦੋਵੇਂ ਧਿਰਾਂ ਆਪਣੇ-ਆਪ ਨੂੰ ਜੇਤੂ ਮਹਿਸੂਸ ਕਰਦੀਆਂ ਹਨ ਤੇ ਕਿਸੇ ਵੀ ਧਿਰ ਦੀ ਹਾਰ ਨਹੀਂ ਹੁੰਦੀ।

# ਕਿਸਾਨ ਭਲਾਈ ਵਿਭਾਗ ਤੇ ਖੇਤੀਬਾੜੀ ਵਿਭਾਗ ਨੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ

ਬਟਾਲਾ, 24 ਮਈ (ਬਲਵਿੰਦਰ ਸਿੰਘ ਪੰਜਗਰਾਈਂ, ਡਾ. ਸਤਨਾਮ ਸਿੰਘ ਸੰਧੂ): ਪੰਜਾਬ ਸਰਕਾਰ ਵੱਲੋਂ ਮੱਕੀ ਦੇ ਪਾਇਲਟ ਪ੍ਰੋਜੈਕਟ ਸਬੰਧੀ ਸੌਣੀ ਰੁੱਤ ਵਿੱਚ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਲਈ ਤੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ, ਮੁੱਖ ਖੇਤੀਬਾੜੀ ਅਫਸਰ ਅਮਰੀਕ ਸਿੰਘ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਤੇ ਬਲਾਕ ਖੇਤੀਬਾੜੀ ਅਫਸਰ ਡਾ. ਸ਼ਾਹਬਾਜ਼ ਸਿੰਘ ਚੀਮਾਂ ਤੇ ਖ਼ੇਤੀਬਾੜੀ ਵਿਸਥਾਰ ਅਫਸਰ ਮਨਪ੍ਰੀਤ ਸਿੰਘ ਦੇ ਉਪਰਾਲੇ ਸਦਕਾ ਕਿਸਾਨ ਸਿਖਲਾਈ ਕੈਂਪ ਪਿੰਡ ਅਤੇ ਸਰਕਲ ਹਰਚੋਵਾਲ ਬਲਾਕ ਕਾਦੀਆਂ ਵਿੱਚ, ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ, ਜਿਸ ਵਿੱਚ ਕਿਸਾਨਾਂ ਨੂੰ ਡਾਕਟਰ ਸਹਿਬਾਜ ਸਿੰਘ ਚੀਮਾ ਵੱਲੋਂ ਪਾਣੀ ਦੀ ਬਚਤ ਲਈ ਸਰਕਾਰ ਵੱਲੋਂ ਸ਼ੁਰੂ ਕੀਤੀ ਮੱਕੀ ਦੇ ਪਾਇਲਟ ਪ੍ਰਾਜੈਕਟ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਹਨਾਂ ਨੇ ਕਿਸਾਨਾਂ ਨੂੰ ਝੋਨੇ ਦੀ ਫਸਲ ਦੇ ਬਦਲ ਵਜੋਂ ਮੱਕੀ ਦੀ ਫਸਲ ਹੇਠ ਵੱਧ ਤੋਂ ਵੱਧ ਰਕਬਾ ਬੀਜਣ ਲਈ ਕਿਹਾ। ਉਹਨਾਂ ਵੱਲੋਂ ਦੱਸਿਆ ਗਿਆ ਕਿ ਜਿੱਥੇ ਮੱਕੀ ਦੀ ਫਸਲ ਬੀਜਣ ਉਪਰੰਤ ਸਰਕਾਰ ਵੱਲੋਂ ਘੱਟੋ ਘੱਟ ਸਮਰਥਨ ਮੁੱਲ ਮਿਲੇਗਾ, ਉੱਥੇ ਨਾਲ ਹੀ 17500/ਰੁਪਏ ਪ੍ਰਤੀ ਹੈਕਟੇਅਰ ਉਤਸਾਹਨ ਰਾਸ਼ੀ ਵੀ ਦਿੱਤੀ ਜਾਏਗੀ। ਡਾਕਟਰ ਸੰਦੀਪ ਸਿੰਘ ਢਿੱਲੋਂ ਖੇਤੀਬਾੜੀ ਅਫਸਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਤਕਨੀਕੀ ਜਾਣਕਾਰੀ ਕਿਸਾਨਾਂ ਨੂੰ ਦਿੱਤੀ ਗਈ। ਖੇਤੀਬਾੜੀ ਅਫਸਰ ਡਾਕਟਰ ਗੁਰਪ੍ਰੀਤ ਸਿੰਘ ਔਲਖ ਵੱਲੋਂ ਮੱਕੀ ਦੀ ਕਾਸਤ ਸਬੰਧੀ ਤਕਨੀਕੀ ਜਾਣਕਾਰੀ ਦਿੱਤੀ ਗਈ ਅਤੇ ਮੱਕੀ ਦੀ ਬਿਜਾਈ, ਖਾਦਾਂ, ਦਵਾਈਆਂ, ਬਿਮਾਰੀਆਂ ਸੰਬੰਧੀ ਜਾਣਕਾਰੀ ਦਿੱਤੀ ਗਈ। ਮਨਪ੍ਰੀਤ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਹਰਚੋਵਾਲ ਵੱਲੋਂ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਯੋਜਨਾ ਤਹਿਤ ਜਾਣਕਾਰੀ ਦਿੱਤੀ ਗਈ। ਗੁਰ ਸਿਮਰਨ ਸਿੰਘ ਖੇਤੀਬਾੜੀ ਉਪ ਨਿਰੀਖਕ ਵਲੋ ਫਸਲਾਂ ਦੀ ਰਹਿੰਦ ਖੂਹੰਦ ਨੂੰ ਅੱਗ ਨਾ ਲਗਾਉਣ ਸਬੰਧੀ ਜਾਣਕਾਰੀ ਦਿੱਤੀ ਗਈ ।

ਅਖੀਰ 'ਚ ਡਾ. ਸ਼ਾਬਾਸ਼ ਸਿੰਘ ਚੀਮਾ ਵੱਲੋਂ ਖੇਤੀ ਮਾਹਰਾਂ ਤੇ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ ਤੇ ਖੇਤੀਬਾੜੀ ਮਹਿਕਮੇ ਕਾਦੀਆਂ ਦੇ ਸਮੂਹ ਸਟਾਫ ਨੂੰ ਕੈਂਪ ਨੂੰ ਕਾਮਯਾਬ ਕਰਨ ਸਬੰਧੀ, ਉਨ੍ਹਾਂ ਦੀ ਸਲਾਘਾ ਕੀਤੀ ਗਈ। ਕਿਸਾਨਾਂ ਨੂੰ ਘਰ ਵਿੱਚ ਖਪਤ ਕਰਨ ਲਈ ਜੈਵਿਕ ਸਬਜ਼ੀਆਂ, ਦਾਲਾਂ ਅਤੇ ਫਲਦਾਰ ਬੂਟੇ ਲਗਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ।



ਇਸ ਕੈਂਪ 'ਚ ਸਟਾਫ ਗੁਰ ਸਿਮਰਨ ਸਿੰਘ, ਸੁਖਦੀਪ ਸਿੰਘ, ਨਵਜੋਤ ਕੌਰ, ਮਨਦੀਪ ਸਿੰਘ, ਨਿਰਵੈਰ ਸਿੰਘ ਅਤੇ ਕਿਸਾਨ ਬਲਦੇਵ ਸਿੰਘ, ਜਗਤਾਰ ਸਿੰਘ, ਗੁਰਦਿਆਲ ਸਿੰਘ ਲੰਬੜਦਾਰ, ਬਿਕਰਮ ਸਿੰਘ ਤੇ ਹੋਰ ਕਿਸਾਨਾਂ ਵੱਲੋਂ ਸ਼ਮੂਲੀਅਤ ਕੀਤੀ ਗਈ।

# ਸਰਕਾਰੀ ਸਕੂਲਾਂ ਵਿੱਚ ਵਿੱਦਿਆ ਦੇ ਪੱਧਰ ਵਿੱਚ ਹੋਇਆ ਵੱਡਾ ਸੁਧਾਰ : ਐਡ. ਹਰਪ੍ਰੀਤ ਸਿੰਘ



ਅਬੋਹਰ, 24 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਅਬੋਹਰ ਦੇ ਹਲਕਾ ਇੰਚਾਰਜ ਅਰੁਣ ਨਾਰੰਗ ਦੇ ਰਹਿਨੁਮਾਈ ਹੇਠ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਹਰਪ੍ਰੀਤ ਸਿੰਘ ਤੇ ਰਜਿੰਦਰ ਕੰਬੋਜ ਵੱਲੋਂ ਅਬੋਹਰ ਹਲਕੇ ਦੇ ਸਰਕਾਰੀ ਹਾਈ ਸਕੂਲ ਪਿੰਡ ਤੂਤਵਾਲਾ ਵਿੱਚ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਿਆ।

ਐਡਵੋਕੇਟ ਹਰਪ੍ਰੀਤ ਸਿੰਘ ਨੇ ਕਿਹਾ ਕੀ ਸਰਕਾਰੀ ਹਾਈ ਸਕੂਲ ਤੂਤਵਾਲਾ ਵਿਖੇ 20 ਲੱਖ ਰੁਪਏ ਦੀ ਵਧੇਰੇ ਰਾਸ਼ੀ ਨਾਲ ਕੀਤੇ ਗਏ ਵੱਖ ਵੱਖ ਵਿਕਾਸ ਕਾਰਜਾਂ ਦੇ ਅੱਜ ਉਦਘਾਟਨ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸਰਕਾਰੀ ਹਾਈ ਸਕੂਲ ਤੂਤਵਾਲਾ ਵਿਖੇ ਚਾਰਦੀਵਾਰੀ, ਸਮਾਰਟ ਕਲਾਸ ਅਤੇ ਵਿਗਿਆਨ ਪ੍ਰਯੋਗਸ਼ਾਲਾ ਸਮੇਤ ਵੱਖ ਵੱਖ ਵਿਕਾਸ ਕਾਰਜਾਂ ਕਾਰਜ ਕਰਵਾਏ ਗਏ ਹਨ ਜਿਨਾਂ ਦੇ ਅੱਜ ਉਦਘਾਟਨ ਕੀਤੇ ਗਏ ਹਨ।

ਆਯੋਜਿਤ ਸਮਾਗਮ ਦੌਰਾਨ ਉਨ੍ਹਾਂ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਦੇ ਸਰਕਾਰੀ ਸਕੂਲਾਂ ਵਿਚ ਮਾਡਲ ਕਲਾਸ ਰੂਮਾਂ, ਇੰਟਰੈਕਟਿਵ ਪੈਨਲ, ਸਮੇਂ ਮੁਤਾਬਕ ਬੁਨਿਆਦੀ ਢਾਂਚੇ ਦੀ ਸਥਾਪਤੀ ਅਤੇ ਵਿਦਿਆਰਥੀਆਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਜੋ ਵਿਦਿਆਰਥੀਆਂ ਤੇ ਅਧਿਆਪਕਾਂ ਲਈ ਨਿਸ਼ਚਿਤ ਤੌਰ 'ਤੇ ਲਾਹੇਵੰਦ ਸਾਬਿਤ ਹੋ ਰਹੀਆਂ ਹਨ ਜਿਸ ਨਾਲ ਸਰਕਾਰੀ ਸਕੂਲਾਂ ਵਿੱਚ ਵਿੱਦਿਆ ਦੇ ਪੱਧਰ ਵਿੱਚ ਵੀ ਵੱਡਾ ਸੁਧਾਰ ਹੋਇਆ ਹੈ।

ਇਸ ਮੌਕੇ ਸਿੱਖਿਆ ਕੋਆਰਡੀਨੇਟਰ ਰਜਿੰਦਰ ਕੰਬੋਜ ਡੱਬੂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਤੇ ਖੇਡਾਂ ਵਿੱਚ ਹੋਰ ਮਿਹਨਤ ਕਰਕੇ ਆਪਣੇ ਮਾਪਿਆਂ, ਸਕੂਲ ਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜਿਲ੍ਹਾ ਡਿਪਟੀ ਸਿੱਖਿਆ ਅਫ਼ਸਰ ਪਰਵਿੰਦਰ ਸਿੰਘ, ਆਮ ਆਦਮੀ ਪਾਰਟੀ ਪੰਜਾਬ ਦੇ ਬੁਲਾਰੇ ਸਫ਼ਲ ਹਰਪ੍ਰੀਤ ਸਿੰਘ ਤੇ ਪਿੰਡ ਤੂਤਵਾਲਾ ਦੀ ਸਮੁੱਚੀ ਪੰਚਾਇਤ ਮੌਜੂਦ ਸੀ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵੱਖ-ਵੱਖ ਪਿੰਡਾਂ ਦੇ ਨਿਵਾਸੀਆਂ ਨੂੰ ਨਸ਼ਿਆਂ ਵਿਰੁੱਧ ਲੜਨ ਦੀ ਸਹੁੰ ਚੁਕਾਈ



ਫਤਿਹਗੜ੍ਹ ਚੂੜੀਆਂ, 24 ਮਈ (ਰਾਜਨ ਸ਼ਰਮਾ): ਹਲਕਾ ਫਤਿਹਗੜ੍ਹ ਚੂੜੀਆਂ ਵਿੱਚ ਹਲਕਾ ਇੰਚਾਰਜ ਬਲਬੀਰ ਸਿੰਘ ਪਨੂੰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡ ਸੇਖਵਾਂ, ਖੋਖਰ, ਲੋਧੀਨੰਗਲ, ਦਾਖਲਾ , ਤਲਵੰਡੀ ਝਿਊਰਾਂ ਤੇ ਸ਼ਾਮਪੁਰਾ ਵਿੱਚ ਮੀਟਿੰਗ ਕੀਤੀ ਗਈ।

ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨੂੰ ਨਸ਼ਿਆਂ ਖਿਲਾਫ਼ ਲੜਨ ਦੀ ਸਹੁੰ ਚੁਕਾਈ। ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਬਲਬੀਰ ਸਿੰਘ ਪਨੂੰ ਨੇ ਕਿਹਾ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਵਲੋਂ ਨਸ਼ਿਆਂ ਨੂੰ ਜੜੋਂ ਖਤਮ ਕਰਨ ਲਈ ਵਿਸ਼ੇਸ਼ ਮੁਹਿੰਮ ਵਿੱਢੀ ਹੈ ਅਤੇ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਨੂੰ ਖਤਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਚੱਲ ਰਹੀ ਨਸ਼ਾ ਮੁਕਤੀ ਯਾਤਰਾ ਵਿੱਚ ਪਿੰਡ ਵਾਲਿਆਂ ਦਾ ਸਾਥ ਬਹੁਤ ਜਰੂਰੀ ਹੈ ਤਾਂ ਜੋ ਹਰ ਇੱਕ ਪਿੰਡ ਪਿੰਡ ਵਿੱਚ ਨਸ਼ਾ ਖਤਮ ਕੀਤਾ ਜਾ ਸਕੇ ਤੇ ਪੰਜਾਬ ਨੂੰ ਮੁੜ ਹੱਸਦਾ ਵੱਸਦਾ ਰੰਗਲਾ ਪੰਜਾਬ ਬਣਾਇਆ ਜਾ ਸਕੇ। ਇਸ ਮੌਕੇ ਮਲਕੀਤ ਸਿੰਘ ਸੇਖਵਾਂ, ਬਲਾਕ ਪ੍ਰਧਾਨ ਜਸਬੀਰ ਸਿੰਘ ਭਾਲੋਵਾਲੀ, ਸੁਖਦੇਵ ਸਿੰਘ ਖੋਖਰ, ਲਖਬੀਰ ਸਿੰਘ ਖੋਖਰ, ਪਰਮਜੀਤ ਸਿੰਘ ਖੋਖਰ, ਸੁਖਬੀਰ ਸਿੰਘ ਲੋਧੀ ਨੰਗਲ, ਸਰਪੰਚ ਪਰਮਜੀਤ ਕੌਰ ਲੋਦੀ ਨੰਗਲ, ਸੈਮੂਅਲ ਮਸੀਹ, ਸਰਬਜੀਤ ਕੌਰ , ਗੁਰਬਾਜ ਸਿੰਘ ਹੀਰਾ , ਕਾਲਾ ਫੌਜੀ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਸਰਪੰਚ ਗੁਰਬਿੰਦਰ ਸਿੰਘ ਕਾਦੀਆਂ, ਬਲਾਕ ਪ੍ਰਧਾਨ ਹਰਦੀਪ ਸਿੰਘ, ਸਰਪੰਚ ਹਰਦੀਪ ਸਿੰਘ ਦਮੋਦਰ, ਰਘਬੀਰ ਸਿੰਘ ਅਠਵਾਲ, ਗਗਨਦੀਪ ਸਿੰਘ ਕੋਟਲਾ ਬਾਮਾ, ਗੁਰਪ੍ਰਤਾਪ ਸਿੰਘ, ਗੁਰਦੇਵ ਔਜਲਾ, ਬਲਾਕ ਪ੍ਰਧਾਨ ਜਗਜੀਤ ਸਿੰਘ ਆਜਮਪੁਰ ਤੇ ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਆਦਿ ਹਾਜ਼ਰ

# ਜ਼ਿਲ੍ਹੇ 'ਚੋਂ ਮੈਰਿਟ 'ਚ ਆਈ ਵਿਦਿਆਰਥਣ ਨੂੰ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਸਨਮਾਨਤ

ਬਟਾਲਾ, 24 ਮਈ (ਬਲਵਿੰਦਰ ਸਿੰਘ ਪੰਜਗਰਾਈਂ,ਧਨਪਾਲ ਸਿੰਘ ਕਲਸੀ): ਨਜ਼ਦੀਕੀ ਪਿੰਡ ਪੰਜ ਗਰਾਈਆਂ ਦੀ ਗੁਰਸ਼ਰਨਜੀਤ ਕੌਰ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਨਤੀਜਿਆਂ ਮੁਤਾਬਕ ਜਿਲੇ ਗੁਰਦਾਸਪੁਰ ਵਿੱਚੋਂ, ਮੈਰਿਟ 'ਚ ਆਉਣ ਤੇ ਹਲਕਾ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਅਤੇ ਉਨਾਂ ਦੀ ਪਾਰਟੀ ਦੇ ਆਗੂਆਂ ਨੇ ਉਹਨਾਂ ਦੇ ਗ੍ਰਿਹਿ ਵਿਖੇ ਪਹੁੰਚ ਕੇ ਸਨਮਾਨਿਤ ਕੀਤਾ ਅਤੇ 11000 ਰੁਪਏ ਦਾ ਚੈੱਕ ਦੇ ਕੇ ਉਸਦੀ ਹੌਸਲਾ ਅਫਜ਼ਾਈ ਕੀਤੀ। ਹਲਕਾ ਵਿਧਾਇਕ ਨੇ ਇਸ ਵਿਦਿਆਰਥਣ ਦੀ ਪੜ੍ਹਨ ਦੀ ਲਗਨ ਤੇ ਸਕੂਲ ਮੁਖੀ ਮਨਪ੍ਰੀਤ ਸਿੰਘ ਤੇ ਉਨ੍ਹਾਂ ਦੀ ਸਮੁੱਚੀ ਟੀਮ ਦੀ ਪ੍ਰਸ਼ੰਸਾ ਕਰਦਿਆਂ ਹੋਇਆਂ ਕਿਹਾ ਕਿ ਮੇਰੇ ਹਲਕੇ 'ਚ ਮੈਨੂੰ ਅਜਿਹੇ ਹੀ ਅਧਿਆਪਕ ਚਾਹੀਦੇ ਹਨ, ਜਿਹੜੇ ਕਿ ਬੱਚਿਆਂ ਨੂੰ ਸੁਖਾਵਾਂ ਮਾਹੌਲ ਪ੍ਰਦਾਨ ਕਰਵਾ ਕੇ, ਉੱਚ ਪੱਧਰੀ ਤਾਲੀਮ ਯਾਫਤਾ ਸਟਾਫ਼ ਨਾਲ ਵਿਦਿਆਰਥੀਆਂ ਨੂੰ ਬੁਲੰਦੀਆਂ ਤੇ ਪਹੁੰਚਾ ਦੇਣ। ਉਨ੍ਹਾਂ ਕਿਹਾ ਕਿ ਮੈਂ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਇਸ ਸਕੂਲ ਦਾ ਤੇ ਸਕੂਲ ਮੁਖੀ ਦੇ ਨਾਮ ਦੀ ਸਿਫਾਰਸ਼



ਕਰਾਂਗਾ, ਤਾਂ ਕਿ ਸਿੱਖਿਆ ਵਿਭਾਗ ਵਲੋਂ ਮਿਹਨਤੀ ਸਟਾਫ ਨੂੰ ਕੋਈ ਐਵਾਰਡ ਦਿੱਤਾ ਜਾ ਸਕੇ। ਸਰਕਾਰੀ ਸਕੂਲ ਨੂੰ ਸੁੰਦਰ ਦਿਖ ਦੇਣ ਬਾਰੇ ਉਹਨਾਂ ਕਿਹਾ ਕਿ ਸਕੂਲ ਦੇ ਵਿਹੜੇ ਵਿੱਚ ਟਾਈਲਾਂ ਲਗਵਾਉਣ ਦਾ ਕੰਮ ਜਲਦੀ ਹੀ ਕਰਵਾ ਦਿੱਤਾ ਜਾਵੇਗਾ। ਇਸ ਮੌਕੇ ਜਰਨੈਲ ਸਿੰਘ ਖਾਨ ਖਾਸੇ ਵਾਲੇ, ਸਾਬਕਾ ਪੰਚ ਹਰਭਜਨ ਸਿੰਘ ਤੇ ਉਨ੍ਹਾਂ ਦੇ ਸਮੁੱਚੇ ਪਰਿਵਾਰ ਨੇ, ਅਕਾਲੀ ਦਲ ਦੀਆਂ ਨੀਤੀਆਂ ਤੋਂ ਤੰਗ ਆ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ ਹੈ। ਇਸ ਮੌਕੇ ਹਲਕਾ ਵਿਧਾਇਕ ਨੇ ਖੁਸ਼ੀ ਭਰੇ ਰੌਅ ਵਿੱਚ ਬੋਲਦਿਆਂ ਹੋਇਆਂ ਕਿਹਾ ਕਿ ਹਰਭਜਨ ਸਿੰਘ ਨੂੰ ਪਾਰਟੀ ਵਿੱਚ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ ਅਤੇ ਹੁਣ ਮੈਂ ਸਮੁੱਚੀ ਸੰਗਤ ਦੇ ਸਾਹਮਣੇ ਇਸ ਨੂੰ ਸਰਕਾਰੀ ਸਮਾਰਟ ਹਾਈ ਸਕੂਲ ਦਾ ਚੇਅਰਮੈਨ ਘੋਸ਼ਿਤ ਕਰਦਾ ਹਾਂ।

ਇਸ ਤੇ ਆਏ ਹੋਏ ਮੋਹਤਬਰਾਂ ਅਤੇ ਸਮੁੱਚੀ ਸੰਗਤ ਨੇ ਤਾੜੀਆਂ ਮਾਰ ਕੇ ਉਹਨਾਂ ਦੇ ਇਸ ਐਲਾਨ ਦਾ ਸਵਾਗਤ ਕੀਤਾ। ਇਸ ਮੌਕੇ ਸਾਬਕਾ ਸਰਪੰਚ ਮਨਜੀਤ ਸਿੰਘ ਰਧਾਨ, ਸਾਬਕਾ ਸਰਪੰਚ ਗੁਰਦੀਪ ਸਿੰਘ ਬਾਜਵਾ, ਸੁਲੱਖਣ ਸਿੰਘ ਬਹਾਦਰ ਹੁਸੈਨ, ਸਾਬਕਾ ਸਰਪੰਚ ਕਰਮਜੀਤ ਸਿੰਘ ਬਾਜਵਾ, ਸਰਪੰਚ ਕਰਮਜੀਤ ਸਿੰਘ ਫਡਿਆਲਾ, ਸਰਪੰਚ ਮਿੱਤਰਪਾਲ ਸਿੰਘ ਦੌਲਤਪੁਰ, ਸਾਬਕਾ ਸਰਪੰਚ ਸਿਕੰਦਰ ਸਿੰਘ ਕਰਨਾਮਾ, ਬਲਾਕ ਪ੍ਰਧਾਨ ਰਵਿੰਦਰ ਸਿੰਘ ਜੱਜ, ਪੀ ਏ ਨਵ ਭਿੰਡਰ, ਸਰਪੰਚ ਜਗ ਜੀਵਨ ਸਿੰਘ, ਸਾਬਕਾ ਚੇਅਰਮੈਨ ਗੁਰਮੀਤ ਸਿੰਘ ਸੋਨੂ, ਐਸਡੀਓ ਹਰਪਾਲ ਸਿੰਘ, ਸੁਖਰਾਜ ਸਿੰਘ ਲਾਲੀ, ਗੁਰਨਾਮ ਸਿੰਘ ਫੌਜੀ, ਬੀਰਪਾਲ ਸਿੰਘ, ਗੁਰਮੁਖ ਸਿੰਘ, ਸਰਬਜੀਤ ਸਿੰਘ ਬਾਜਵਾ, ਅਮਰੀਕ ਸਿੰਘ ਤੇ ਹੋਰ ਅਨੇਕਾਂ ਮੁਹਤਬਰ ਹਾਜ਼ਰ ਸਨ।

# ਜ਼ਿਲ੍ਹਾ ਕਚਹਿਰੀਆਂ ਵਿਖੇ ਦੂਜੀ ਕੌਮੀ ਲੋਕ ਅਦਾਲਤ ਕਰਵਾਈ

ਗੁਰਦਾਸਪੁਰ, 24 ਮਈ (ਜਗੀਰ ਸਿੰਘ ਮੰਡ/ ਸੁਰਿੰਦਰ ਸਿੰਘ ਬਸਰਾ): ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਨਯੋਗ ਜਸਟਿਸ ਦੀਪਕ ਸਿੱਬਲ, ਜੱਜ ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਕ ਤੇ ਦਿਲਬਾਗ ਸਿੰਘ ਜੌਹਲ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੀ ਰਹਿਨੁਮਾਈ ਹੇਠ ਹਰਪ੍ਰੀਤ ਸਿੰਘ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜਨ, ਗੁਰਦਾਸਪੁਰ ਅਧੀਨ ਸਮੂਹ ਨਿਆਇਕ ਅਦਾਲਤਾਂ ਗੁਰਦਾਸਪੁਰ ਅਤੇ ਸਬ-ਡਵੀਜਨ, ਬਟਾਲਾ ਵੱਲੋਂ ਕੇਸਾਂ ਦੇ ਨਿਪਟਾਰੇ ਲਈ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਲਈ ਗੁਰਦਾਸਪੁਰ ਤੇ ਬਟਾਲਾ ਵਿਖੇ ਦੇ ਨਿਆਇਕ ਅਧਿਕਾਰੀਆਂ ਦੇ ਕੁੱਲ 20 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ।



ਇਸ ਨੈਸ਼ਨਲ ਲੋਕ ਅਦਾਲਤ ਵਿੱਚ ਫੌਜਦਾਰੀ, ਚੈੱਕ ਬਾਊਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਤੇ ਪਰਿਵਾਰਿਕ ਝਗੜੇ ਆਦਿ ਕਿਸਮਾਂ ਦੇ ਕੇਸ ਲਗਾਏ ਜਾਂਦੇ ਹਨ। ਇਸ ਤੋਂ ਇਲਾਵਾ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਪ੍ਰੀ-ਲੀਟੀਗੇਟਿਵ ਕੇਸ ਜਿਵੇਂ ਕਿ ਬੈਂਕ ਰਿਕਵਰੀ ਕੇਸ, ਜਲ ਸਪਲਾਈ, ਲੇਬਰ ਆਦਿ ਕੇਸ ਵੀ ਲਗਾਏ ਜਾਂਦੇ ਹਨ। ਇਸ ਲੋਕ ਅਦਾਲਤ 'ਚ ਰਾਜੀਨਾਮਾ ਹੋਣ ਯੋਗ ਕੇਸਾਂ ਦੇ ਨਿਪਟਾਰੇ ਲਈ 21397 ਕੇਸ ਸੁਣਵਾਈ ਲਈ ਰੱਖੇ ਗਏ, ਜਿਨ੍ਹਾਂ 'ਚੋਂ 21034 ਕੁੱਲ ਕੇਸਾਂ ਦਾ ਨਿਪਟਾਰਾ ਦੋਹਾਂ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਗਿਆ ਤੇ 128111063/- ਰੁਪਏ ਦੀ ਰਕਮ ਦੇ ਅਵਾਰਡ ਪਾਸ ਕੀਤੇ ਗਏ। ਇਸ ਸਬੰਧੀ ਹਰਪ੍ਰੀਤ ਸਿੰਘ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਦੱਸਿਆ ਕਿ ਲੋਕ ਅਦਾਲਤ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਹੈ ਤਾਂ ਜੋ ਧਿਰਾਂ ਦੇ ਕੀਮਤੀ ਸਮੇਂ ਤੇ ਧੰਨ ਦੀ ਬਚਤ ਹੋ ਸਕੇ ਤੇ ਆਪਸੀ ਦੁਸ਼ਮਣੀ ਘਟਾਈ ਜਾ ਸਕੇ। ਲੋਕ ਅਦਾਲਤਾਂ ਰਾਹੀਂ ਫੈਸਲੇ ਹੋਏ ਕੇਸਾਂ ਦੇ ਲਾਭਾਂ ਤੇ ਚਾਨਣਾ ਪਾਉਂਦੇ ਹੋਏ ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾਂ ਹੋਏ ਕੇਸ ਦੀ ਅੱਗੇ ਕੋਈ ਅਪੀਲ ਨਹੀਂ ਹੋ ਸਕਦੀ ਕਿਉਂਕਿ ਲੋਕ ਅਦਾਲਤ 'ਚ ਫੈਸਲਾ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਜਾਂਦਾ ਹੈ। ਇਸ ਨਾਲ ਝਗੜਾ ਹਮੇਸ਼ਾ ਲਈ ਖਤਮ ਹੋ ਜਾਂਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾ ਹੋਏ ਕੇਸਾਂ 'ਚ ਲਗਾਈ ਗਈ, ਕੋਰਟ ਫੀਸ ਵੀ ਵਾਪਸ ਕੀਤੀ ਜਾਂਦੀ ਹੈ।

# ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ 'ਚ ਕੱਢੀ ਨਸ਼ਾ ਮੁਕਤੀ ਯਾਤਰਾ ਰੈਲੀਆਂ

ਡੇਰਾ ਬਾਬਾ ਨਾਨਕ/ ਗੁਰਦਾਸਪੁਰ, 24 ਮਈ (ਹੈਪੀ ਕੋਟਲੀ): ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਵੱਲੋਂ ਸ਼ਾਮ ਹਲਕੇ ਦੇ ਪਿੰਡ ਝੰਗੀ, ਸ਼ਾਮਪੁਰਾ ਤੇ ਸਿੰਘਪੁਰਾ ਵਿਖੇ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕੀਤੀ ਗਈ। ਇਸ ਮੌਕੇ ਹੋਈ ਭਰਵੀਆਂ ਜਨ ਸਭਾਵਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬੀ ਯੁੱਧ ਨਸ਼ਿਆਂ ਵਿਰੁੱਧ ਜਿੱਤ ਕੇ ਆਪਣੇ ਪੰਜਾਬ ਨੂੰ ਮੁੜ ਰੰਗਲਾ ਬਣਾਉਣਗੇ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਪੰਜਾਬ ਵਿੱਚ ਨਸ਼ੇ ਦੇ ਪਸਾਰੇ ਲਈ ਸਾਬਕਾ ਕਾਂਗਰਸ ਤੇ ਅਕਾਲੀ-ਭਾਜਪਾ ਸਰਕਾਰਾਂ ਨੂੰ



ਇਲਜ਼ਾਮਾਂ ਦੇ ਕਟਹਿਰੇ 'ਚ ਖੜ੍ਹਾ ਕਰਦਿਆਂ ਕਿਹਾ ਕਿ ਇਨ੍ਹਾਂ ਸਾਬਕਾ ਸਰਕਾਰਾਂ ਦੇ ਆਗੂਆਂ ਤੇ ਕਾਰਕੁਨਾਂ ਵੱਲੋਂ ਸੌਖੇ ਢੰਗ ਨਾਲ ਪੈਸੇ ਦੀ ਕਮਾਈ ਲਈ ਨਸ਼ਾ ਤਸਕਰਾਂ ਨੂੰ ਸਰਪ੍ਰਸਤੀ ਦਿੰਦਿਆਂ ਕਥਿਤ ਤੌਰ 'ਤੇ ਲਾਲ ਬੱਤੀ ਵਾਲੀਆਂ ਗੱਡੀਆਂ ਵੀ ਮੁਹੱਈਆ ਕਰਵਾਈਆਂ ਜਾਂਦੀਆਂ ਰਹੀਆਂ ਸਨ।

ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਕਿਸੇ ਕਿਸਮ ਦੀ ਸਿਆਸੀ ਦਖ਼ਲ ਅੰਦਾਜ਼ੀ ਨਾ ਪਹਿਲੋਂ ਕੀਤੀ ਜਾ ਰਹੀ ਸੀ, ਨਾ ਹੁਣ ਕੀਤੀ ਜਾ ਰਹੀ ਹੈ, ਸਗੋਂ ਨਸ਼ਾ ਤਸਕਰਾਂ ਪ੍ਰਤੀ ਢਿੱਲੜ ਰਵੱਈਆ ਅਪਣਾਉਣ ਵਾਲੇ ਪੁਲਿਸ ਅਫ਼ਸਰਾਂ ਤੇ ਮੁਲਾਜ਼ਮਾਂ ਵਿਰੁੱਧ ਵੀ ਵਿਭਾਗੀ ਕਾਰਵਾਈ ਕਰਨ ਤੋਂ ਸੰਕੋਚ ਨਹੀਂ ਕੀਤਾ ਜਾ ਰਿਹਾ। ਇਸ ਦੌਰਾਨ ਵਿਧਾਇਕ ਰੰਧਾਵਾ ਨੇ ਮੌਕੇ 'ਤੇ ਮੌਜੂਦ ਅਧਿਕਾਰੀਆਂ ਸਣੇ ਪੰਚਾਇਤੀ ਨੁਮਾਇੰਦਿਆਂ, ਨੰਬਰਦਾਰਾਂ, ਡਿਫੈਂਸ ਕਮੇਟੀਆਂ ਦੇ ਮੈਂਬਰਾਂ ਸਮੇਤ ਆਮ ਲੋਕਾਂ ਨੂੰ ਸਮੂਹਿਕ ਤੌਰ 'ਤੇ ਨਸ਼ਿਆਂ ਵਿਰੁੱਧ ਹਲਫ਼ ਦਿਵਾਇਆ। ਇਸ ਮੌਕੇ ਤੇ ਤਹਿਸੀਲਦਾਰ ਡੇਰਾ ਬਾਬਾ ਨਾਨਕ ਲਛਮਣ ਸਿੰਘ, ਡੀ.ਐੱਸ.ਪੀ. ਜੋਗਾ ਸਿੰਘ, ਹਲਕਾ ਕੋਆਰਡੀਨੇਟਰ ਅਰਸ਼ਦੀਪ ਸਿੰਘ, ਬੀ.ਡੀ.ਪੀ.ਓ. ਅਮਨਦੀਪ ਕੌਰ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਪੰਚ-ਸਰਪੰਚ, ਡਿਫੈਂਸ ਕਮੇਟੀਆਂ ਤੇ ਮੁਹਤਬਰ ਹਾਜ਼ਰ ਸਨ।

# ਕੌਮੀ ਲੋਕ ਅਦਾਲਤ 'ਚ 14547 ਕੇਸਾਂ ਦਾ ਨਿਪਟਾਰਾ ਕੀਤਾ

ਫਾਜ਼ਿਲਕਾ, 24 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਚੰਡੀਗੜ ਦੇ ਦਿਸ਼ਾ ਨਿਰਾਦੇਸ਼ਾਂ ਹੇਠ, ਅਵਤਾਰ ਸਿੰਘ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਕਮ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਫਾਜ਼ਿਲਕਾ ਜੀ ਦੀ ਰਹਿਨੁਮਾਈ ਹੇਠ ਅੱਜ 24.05.2025 ਨੂੰ ਜ਼ਿਲ੍ਹਾ ਫਾਜ਼ਿਲਕਾ, ਅਬੋਹਰ ਤੇ ਜਲਾਲਾਬਾਦ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਲੋਕ ਅਦਾਲਤ ਵਿੱਚ ਦੋਨਾਂ ਪਾਰਟੀਆਂ ਦੀ ਆਪਸੀ ਸਹਿਮਤੀ ਨਾਲ ਕਈ ਕੇਸਾਂ ਦਾ ਨਿਪਟਾਰਾ ਕਰਵਾਇਆ ਗਿਆ।

ਇਸ ਨੈਸ਼ਨਲ ਲੋਕ ਅਦਾਲਤ ਵਿਚ



ਜ਼ਿਲ੍ਹਾ ਫਾਜ਼ਿਲਕਾ ਵਿਖੇ 11 ਬੈਂਚ ਲਗਾਏ ਗਏ ਜਿਸ ਵਿਚ 5 ਬੈਂਚ ਫਾਜ਼ਿਲਕਾ, 3 ਬੈਂਚ ਅਬੋਹਰ ਅਤੇ 3 ਬੈਂਚ ਜਲਾਲਾਬਾਦ ਦੇ ਸਨ। ਇਸ ਮੌਕੇ ਤੇ ਫਾਜ਼ਿਲਕਾ ਵਿਖੇ ਸ. ਅਵਤਾਰ ਸਿੰਘ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਫਾਜ਼ਿਲਕਾ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ 16303 ਕੇਸ ਲਗਾਏ ਗਏ ਜਿਸ ਵਿੱਚ 14547 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਤੇ 22,13,57,071 ਰੁਪਏ ਦੇ ਅਵਾਰਡ ਪਾਸ ਕੀਤੇ ਗਏ।

ਰੂਚੀ ਸਵੱਪਨ ਸ਼ਰਮਾ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਜੀ ਨੇ ਦੱਸਿਆ ਕਿ ਇਹਨਾਂ ਲੋਕ ਅਦਾਲਤਾਂ ਦੇ ਨਾਲ ਜਿੱਥੇ ਆਮ ਲੋਕਾਂ ਨੂੰ ਰਾਹਤ ਮਿਲਦੀ ਹੈ ਉੱਥੇ ਉਹਨਾਂ ਲੋਕਾ ਦੇ ਸਮਾਂ ਅਤੇ ਪੈਸੇ ਦੀ ਵੀ ਬੱਚਤ ਹੁੰਦੀ ਹੈ। ਲੋਕ ਅਦਾਲਤ ਦੁਆਰਾ ਦੋਨੋ ਪਾਰਟੀਆਂ ਵਿੱਚ ਆਪਸੀ ਦੁਸ਼ਮਣੀ ਖਤਮ ਹੋ ਜਾਂਦੀ ਹੈ ਅਤੇ ਭਾਈਚਾਰਾ ਵੱਧਦਾ ਹੈ। ਲੋਕ ਅਦਾਲਤ ਵਿੱਚ ਫੈਸਲਾਂ ਹੋਣ ਤੋਂ ਬਾਅਦ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵਾਪਿਸ ਮਿਲ ਜਾਂਦੀ ਹੈ। ਇਸਦੇ ਫੈਸਲੇ ਨੂੰ ਦੀਵਾਨੀ ਅਦਾਲਤ ਦੀ ਡਿਗਰੀ ਦੀ ਮਾਨਤਾ ਪ੍ਰਾਪਤ ਹੈ। ਇਸ ਦੇ ਫੈਸਲੇ ਦੇ ਖਿਲਾਫ਼ ਕੋਈ ਅਪੀਲ ਨਹੀਂ ਹੋ ਸਕਦੀ। ਉਹਨਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਕੇਸਾਂ ਦਾ ਲੋਕ ਅਦਾਲਤ ਵਿੱਚ ਫੈਸਲਾ ਕਰਾ ਕੇ ਵੱਧ ਤੋਂ ਵੱਧ ਲਾਭ ਉਠਾਓ।

# ਕੌਮੀ ਲੋਕ ਅਦਾਲਤ 'ਚ ਹੋਇਆ 119 ਕੇਸਾਂ ਦਾ ਨਿਪਟਾਰਾ

ਬਾਬਾ ਬਕਾਲਾ, 24 (ਬਲਰਾਜ ਸਿੰਘ ਰਾਜਾ): ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਜੀਆਂ ਦੀਆਂ ਹਦਾਇਤਾਂ ਅਨੁਸਾਰ ਅਮਰਿੰਦਰ ਸਿੰਘ ਗਰੇਵਾਲ, ਜ਼ਿਲ੍ਹਾ ਤੇ ਸੇਸ਼ਨਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਤੇ ਅਮਰਦੀਪ ਸਿੰਘ ਬੈਂਸ, ਸਿਵਲ ਜੱਜ-ਸਹਿਤ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਯਤਨਾਂ ਸਦਕਾ ਸਬ-ਡਵੀਜ਼ਨ ਕੋਰਟ ਬਾਬਾ ਬਕਾਲਾ ਸਾਹਿਬ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ 'ਚ ਦਿਵਾਨੀ ਤੇ ਫੌਜ਼ਦਾਰੀ ਕੇਸਾ ਤੋ ਇਲਾਵਾ ਚੈਕ ਬਾਊਂਸ, ਬੈਂਕ ਰਿਕਵਰੀ, ਜ਼ਮੀਨੀ ਵਿਵਾਦਾਂ, ਘਰੇਲੂ ਝਗੜੀਆਂ ਤੇ ਹੋਰ ਤਕਰੀਬਨ ਸਾਰੇ ਕਿਸਮਾਂ ਦੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਜੂਨੀਅਰ ਡਵੀਜ਼ਨ ਤੇ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਦੀਆਂ ਅਦਾਲਤਾਂ ਵੱਲੋਂ ਕੁੱਲ 304 ਕੇਸ ਸੁਣਵਾਈ ਵਾਸਤੇ ਰੱਖੇ ਗਏ ਸਨ, ਜਿਨ੍ਹਾਂ 'ਚੋਂ 119 ਕੇਸਾਂ ਦਾ ਆਪਸੀ ਰਾਜੀਨਾਮੇ ਨਾਲ ਨਿਪਟਾਰਾ ਕੀਤਾ ਗਿਆ ਤੇ 1,2501081 ਰੁਪਏ ਦੇ ਅਵਾਰਡ ਪਾਸ ਕੀਤੇ ਗਏ।

ਇਸ ਦੌਰਾਨ ਮਾਣਯੋਗ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਤੇ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ ?ਰੇਟ ਵੱਲੋਂ ਲੋਕਾਂ ਨੂੰ ਲੋਕ ਅਦਾਲਤ ਦੇ ਮਹੱਤਵ ਤੋ ਜਾਣੂ ਕਰਵਾਉਂਦੇ ਹੋਏ ਦੱਸਿਆ ਗਿਆ ਕੀ ਲੋਕ ਅਦਾਲਤ 'ਚ ਦੋਵਾਂ ਧਿਰਾਂ ਦਾ ਰਾਜੀਨਾਮੇ ਤਹਿਤ ਫੈਸਲਾ ਕਰਵਾਇਆ ਜਾਂਦਾ ਹੈ। ਲੋਕ ਅਦਾਲਤਾਂ ਰਾਹੀਂ ਸਸਤਾ ਤੇ ਛੇਤੀ ਇਨਸਾਫ ਮਿਲਦਾ ਹੈ। ਲੋਕ ਅਦਾਲਤਾਂ ਦੇ ਫੈਸਲੇ ਦੀ ਕੋਈ ਅਪੀਲ ਨਹੀ ਹੁੰਦੀ। ਦੋਹਾਂ ਧਿਰਾਂ 'ਚ ਪਿਆਰ ਵੱਧਦਾ ਹੈ। ਜਿਹੜੇ ਵਿਅਕਤੀ ਆਪਣੇ ਸਮਝੌਤੇ ਯੋਗ ਕੇਸਾਂ ਦਾ ਲੋਕ ਅਦਾਲਤ ਰਾਹੀਂ ਨਿਪਟਾਰਾ ਚਾਹੁੰਦੇ ਹਨ ਉਹ ਸਬੰਧਤ ਅਦਾਲਤ 'ਚ ਜਿੱਥੇ ਉਨਾਂ ਦਾ ਕੇਸ ਲੰਭਿਤ ਹੈ, ਆਪਣੀ ਅਰਜ਼ੀ ਲਗਾਂ ਸਕਦੇ ਹਨ ਜਾਂ ਨਵੇ ਮਾਮਲੀਆਂ ਦਾ ਨਿਪਟਾਰਾ ਲੋਕ ਅਦਾਲਤ ਰਾਹੀਂ ਕਰਵਾਉਣ ਲਈ ਸਬੰਧਤ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਾਂ ਉਪ ਮੰਡਲ ਕਾਨੂੰਨੀ ਸੇਵਾਵਾਂ ਕਮੇਟੀ ਦੇ ਦਫਤਰ ਵਿਖੇ ਆਪਣੀ ਅਰਜ਼ੀ ਦੇ ਸਕਦੇ ਹਨ। ਉਨ੍ਹਾਂ ਹੋਰ ਕਿਹਾ ਕਿ ਲੋਕ ਅਦਾਲਤ ਜਿਸ ਨੂੰ ਦੁਜੇ ਸ਼ਬਦਾ 'ਚ ਲੋਕ ਨਿਆਇਕ ਪ੍ਰਣਾਲੀ ਵੀ ਆਖਿਆ ਜਾਂਦਾ ਹੈ, ਦੇ ਰਾਹੀਂ ਆਮ ਜਨਤਾ ਆਪਣੇ ਵਿਚਾਰ ਖੁੱਲ ਕੇ ਪੇਸ਼ ਕਰ ਸਕਦੇ ਹਨ ਤੇ ਆਪਣੇ ਝਗੜੀਆਂ ਸਬੰਧੀ ਸਬੰਧਤ ਅਦਾਲਤ ਜਿੱਥੇ ਉਨ੍ਹਾਂ ਦਾ ਕੇਸ ਲੰਭਿਤ ਹੈ ਬਗੈਰ ਕਿਸੇ ਵਕੀਲ ਸਾਹਿਬਾਨ ਤੋਂ ਰੱਖ ਸਕਦੇ ਹਨ ਤੇ ਇਹਨਾਂ ਲੋਕ ਅਦਾਲਤਾਂ ਦੇ ਰਾਹੀਂ ਆਪਣੇ ਝਗੜੇ ਸ਼ਾਂਤ-ਮਈ ਢੰਗ ਨਾਲ, ਸ਼ਾਂਤ-ਮਈ ਵਾਤਾਵਰਨ 'ਚ ਮੁੱਕਾ ਸਕਦੇ ਹਨ। ਇਸ ਤਰ੍ਹਾਂ ਜਦੋਂ ਸ਼ਾਂਤ-ਮਈ ਢੰਗ ਨਾਲ ਕੇਸਾਂ ਦਾ ਨਿਪਟਾਰਾ ਹੁੰਦਾ ਹੈ ਤਾਂ ਸਮਾਜ 'ਚ ਭਾਈਚਾਰਕ ਸਾਂਝ ਬਣੀ ਰਹਿੰਦੀ ਹੈ ਤੇ ਲੋਕਾਂ ਦਾ ਆਪਸ 'ਚ ਪਿਆਰ ਵੱਧਦਾ ਹੈ। ਇਸ ਤਰ੍ਹਾਂ ਅਦਾਲਤਾਂ ਦਾ ਵੀ ਵਾਧੂ ਦੇ ਝਗੜਿਆ ਦਾ ਬੋਝ ਘੱਟਦਾ ਹੈ, ਲੋਕ ਅਦਾਲਤਾਂ 'ਚ ਫੈਸਲਾ ਹੋਣ ਉਪਰੰਤ ਸਿਵਲ ਕੇਸ 'ਚ ਲੱਗੀ ਸਾਰੀ ਕੋਰਟ ਫੀਸ ਧਿਰਾਂ ਨੂੰ ਵਾਪਸ ਮਿਲ ਜਾਂਦੀ ਹੈ। ਇਸ ਦੇ ਨਾਲ ਲੋਕ ਅਦਾਲਤਾਂ ਦੇ ਮੁੱਢਲੇ ਟੀਚੇ ਸਦਭਾਵਨਾ ਨੂੰ ਉਤਸ਼ਾਹਿਤ ਕਰਨਾ ਤੇ ਸਮਝੌਤਿਆ ਰਾਹੀਂ ਝਗੜੀਆਂ ਦਾ ਨਿਪਟਾਰਾ ਕਰਨਾ ਨੂੰ ਪੂਰਾ ਕੀਤਾ ਗਿਆ। ਜਿਸ ਕਾਰਨ ਪਾਰਟੀਆਂ ਦਾ ਕੀਮਤੀ ਸਮਾਂ ਤੇ ਪੈਸੇ ਦੀ ਬਚਤ ਹੋਈ। ਇਸ ਮੌਕੇ ਮੈਂਬਰ ਐਡ. ਨਵਦੀਪ ਕੌਰ ਰੰਧਾਵਾ, ਐਡ. ਹਰਜੋਤ ਕੌਰ ਲਹੌਰੀਆ, ਐਡ. ਰਮਨਦੀਪ ਕੌਰ, ਐਡ. ਸਵਿੰਦਰ ਕੌਰ ਗਿੱਲ, ਸੀਨੀਅਰ ਮੀਤ ਪ੍ਰਧਾਨ ਸਰਬਜੀਤ ਸਿੰਘ ਗਿੱਲ, ਸੀਨੀਅਰ ਵਕੀਲ ਵੀ.ਕੇ. ਸਿੰਘ ਮਲਹੋਤਰਾ, ਸੀਨੀਅਰ ਵਕੀਲ ਦਲਬੀਰ ਸਿੰਘ ਬਾਠ, ਸੀਨੀਅਰ ਵਕੀਲ ਦਲਬੀਰ ਸਿੰਘ ਬੇਦੀ, ਵਕੀਲ ਵਰਿੰਦਰ ਸਿੰਘ, ਸੀਨੀਅਰ ਐਡ. ਲੱਖਾ ਸਿੰਘ ਆਜ਼ਾਦ, ਐਡ. ਗੁਰਇਕਬਾਲ ਸਿੰਘ, ਵਕੀਲ ਸਰਬਜੀਤ ਸਿੰਘ ਢਿਲੋ, ਵਕੀਲ ਹਰਪ੍ਰੀਤ ਸਿੰਘ ਸੇਖੋ, ਵਕੀਲ ਸ਼ੁਕਰਗੁਜ਼ਾਰ ਸਿੰਘ, ਵਕੀਲ ਵੀ ਕੇ ਜਸਵਾਲ ਐਡ. ਰਾਜਕਵਲਦੀਪ ਸਿੰਘ ਸੰਧੂ ਸੈਕਟਰੀ, ਵਕੀਲ ਹਰਪ੍ਰੀਤ ਸਿੰਘ ਬੱਲ, ਰੀਡਰ ਰਕੇਸ਼ ਕੁਮਾਰ, ਰੀਡਰ ਦੀਪਕ ਰਾਏ, ਐਹਲਮਦ ਅਵਤਾਰ ਸਿੰਘ, ਐਹਲਮਦ ਬਚਿੱਤਰ ਸਿੰਘ, ਸਟੈਨੋ ਨਰੇਸ਼ ਕੁਮਾਰ, ਸਟੈਨੋ ਕਰਨ



# ਪ੍ਰਾਰਥਾਨਾ ਸਭਾ ਦੌਰਾਨ ਕੇਸ਼ਵ ਬਹਿਲ ਨੂੰ ਦਿੱਤੀ ਨਿੱਘੀ ਸ਼ਰਧਾਂਜਲੀ

## ਪਰਉਪਕਾਰੀ, ਅਗਾਂਹਵਧੂ ਕਿਸਾਨ ਤੇ ਸੱਚੇ ਕਰਮਯੋਗੀ ਸਨ ਕੇਸ਼ਵ ਬਹਿਲ : ਕਟਾਰੂਚੱਕ

ਗੁਰਦਾਸਪੁਰ, 24 ਮਈ (ਜਸਵਿੰਦਰ ਸਿੰਘ): ਸਾਬਕਾ ਮੰਤਰੀ ਸਵਰਗੀ ਖੁਸ਼ਹਾਲ ਬਹਿਲ ਦੇ ਛੋਟੇ ਭਰਾ ਤੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੇ ਚਾਚਾ ਕੇਸ਼ਵ ਬਹਿਲ ਜੋ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ ਦੇ ਨਮਿਤ ਅੱਜ ਗੁਰਦਾਸਪੁਰ ਵਿਖੇ ਪ੍ਰਾਰਥਨਾ ਸਭਾ ਕੀਤੀ ਗਈ। ਇਸ ਸ਼ਰਧਾਂਜਲੀ ਸਮਾਗਮ ਵਿੱਚ ਸੂਬੇ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਸਮੇਤ ਹੋਰ ਪ੍ਰਮੁੱਖ ਹਸਤੀਆਂ ਸ਼ਾਮਲ ਹੋਈਆਂ।

ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਸਵਰਗੀ ਕੇਸ਼ਵ ਬਹਿਲ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਉਹ ਇੱਕ ਪਰਉਪਕਾਰੀ, ਅਗਾਂਹਵਧੂ ਕਿਸਾਨ ਤੇ ਸੱਚੇ ਕਰਮਯੋਗੀ ਸਨ ਜਿਨ੍ਹਾਂ ਨੇ ਆਪਣੀ ਸਾਰੀ ਉਮਰ ਲੋਕਾਈ ਦੀ ਸੇਵਾ ਦੇ ਲੇਖੇ ਲਗਾ ਦਿੱਤੀ। ਉਨ੍ਹਾਂ ਕਿਹਾ ਕਿ ਕੇਸ਼ਵ ਬਹਿਲ 25 ਸਾਲ ਪਿੰਡ ਹਯਾਤ ਨਗਰ ਦੇ ਸਰਪੰਚ ਰਹੇ। ਇਸ ਤੋਂ ਇਲਾਵਾ ਉਹ ਦੋ ਵਾਰ ਬਲਾਕ ਸੰਮਤੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਉਨ੍ਹਾਂ ਨੇ ਲੈਂਡ ਮਾਰਗੇਜ਼ ਤੇ ਕੋਆਪਰੇਟਿਵ ਬੈਂਕ ਦੇ ਡਾਇਰੈਕਟਰ ਵਜੋਂ ਵੀ ਸੇਵਾਵਾਂ ਨਿਭਾਈਆਂ। ਉਹ ਜੀਵਨ ਭਰ ਸਮਾਜ ਸੇਵਾ ਨਾਲ ਜੁੜੇ ਰਹੇ ਤੇ ਵੱਖ-ਵੱਖ



ਸਮਾਜ ਸੇਵੀ ਸੰਸਥਾਵਾਂ ਨਾਲ ਜੁੜ ਕੇ ਸਮਾਜ ਦੇ ਕਮਜ਼ੋਰ ਤੇ ਗ਼ਰੀਬਾਂ ਵਰਗਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਆਪਣੀਆਂ ਸੇਵਾਵਾਂ ਦਿੰਦੇ ਰਹੇ। ਉਨ੍ਹਾਂ ਕਿਹਾ ਕਿ ਅਜਿਹੇ ਨੇਕ ਇਨਸਾਨਾਂ ਨੂੰ ਲੋਕਾਈ ਹਮੇਸ਼ਾਂ ਯਾਦ ਰੱਖਦੀ ਹੈ ਤੇ ਕੇਸ਼ਵ ਬਹਿਲ ਲੋਕਾਂ ਦੇ ਦਿਲਾਂ ਵਿੱਚ ਜ਼ਿੰਦਾ ਰਹਿਣਗੇ। ਉਨ੍ਹਾਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿੱਛੜੀ ਰੂਹ ਨੂੰ ਸਦੀਵੀ ਤੌਰ'ਤੇ ਆਪਣੇ ਚਰਨਾ ਵਿੱਚ ਨਿਵਾਸ ਦੇਣ ਤੇ ਪਿੱਛੇ ਪਰਿਵਾਰ ਤੇ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

ਇਸ ਮੌਕੇ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸਵਰਗੀ ਕੇਸ਼ਵ ਬਹਿਲ ਨੂੰ ਸ਼ਰਧਾਂਜਲੀ ਦਿੰਦਿਆਂ ਕਿ ਕਿ ਉਨ੍ਹਾਂ ਦੇ ਜਾਣ ਨਾਲ ਬਹਿਲ ਪਰਿਵਾਰ ਤੇ ਸਮਾਜ ਨੂੰ ਨਾ ਪੂਰਾ ਹੋਣ ਵਾਲਾ ਘਾਟ ਪਿਆ ਹੈ। ਉਨ੍ਹਾਂ ਕਿਹਾ ਕਿ ਕੇਸ਼ਵ ਬਹਿਲ ਰਾਜਨੀਤੀ ਤੇ ਸਮਾਜ ਸੇਵਾ ਦੇ ਖੇਤਰ 'ਚ ਪ੍ਰੇਰਨਾ ਦੇ ਸਰੋਤ ਸਨ ਤੇ ਹਮੇਸ਼ਾਂ ਹੀ ਉਨ੍ਹਾਂ ਕੋਲੋਂ ਕੁਝ ਚੰਗਾ ਸਿੱਖਣ ਨੂੰ ਮਿਲਦਾ ਸੀ। ਇਸ ਤੋਂ ਇਲਾਵਾ ਹੋਰ ਸਮਾਜਿਕ, ਰਾਜਨੀਤਿਕ ਤੇ ਧਾਰਮਿਕ ਹਸਤੀਆਂ ਵੱਲੋਂ ਵੀ ਸਵਰਗੀ ਕੇਸ਼ਵ ਬਹਿਲ ਨੂੰ ਨਿੱਘੀ ਸ਼ਰਧਾਂਜਲੀ ਦਿੱਤੀ ਗਈ। ਇਸ ਦੌਰਾਨ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਇਸ ਦੁੱਖ ਦੀ ਘੜੀ ਵਿੱਚ ਸਾਥ ਦੇਣ ਲਈ ਸਾਰੇ ਸਨੇਹੀਆਂ, ਰਿਸ਼ਤੇਦਾਰਾਂ ਤੇ ਹਲਕਾ ਵਾਸੀਆਂ ਦਾ ਦਿਲੋਂ ਧੰਨਵਾਦ ਕੀਤਾ।

ਇਸ ਮੌਕੇ ਇਲਾਕੇ ਦੇ ਅਵਾਮ, ਮੁਹਤਰਬਰਾਂ ਤੋਂ ਇਲਾਵਾ ਬਹਿਲ ਪਰਿਵਾਰ ਦੇ ਪਰਿਵਾਰਕ ਮੈਂਬਰ ਬਾਲਾ ਬਹਿਲ, ਕਪਿਲ ਬਹਿਲ, ਅਰਚਨਾ ਬਹਿਲ, ਨਿਧੀ ਬਹਿਲ, ਡਾ. ਆਸ਼ਿਮਾ ਬਹਿਲ, ਡਾ. ਨਿਤਿਨ ਬਹਿਲ, ਗੀਤਾਂਜਲੀ, ਰੋਹਿਤ ਹੁਰੀਆ ਤੇ ਹੋਰ

# ਮਾਝਾ-ਦੁਆਬਾ
ਆਸ ਪਾਸ

## ਲੋਕ ਮਨਾਂ 'ਚ ਚੇਤਨਾ ਪੈਦਾ ਕਰ ਰਹੀ ਹੈ ਸਿੱਖਿਆ ਕ੍ਰਾਂਤੀ : ਈ.ਟੀ.ਓ.



ਅੰਮ੍ਰਿਤਸਰ, 24 ਮਈ, (ਬਬਲੂ ਮਹਾਜਨ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ ਸਿੱਖਿਆ ਕ੍ਰਾਂਤੀ ਆਮ ਲੋਕਾਂ ਦੇ ਮਨਾਂ ਵਿੱਚ ਸਿੱਖਿਆ ਦੀ ਅਹਿਮੀਅਤ ਪ੍ਰਤੀ ਚੇਤਨਤਾ ਪੈਦਾ ਕਰ ਰਹੀ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਬੁੱਟਰ ਕਲਾਂ, ਬੁੱਟਰ ਖੁਰਦ, ਬੁਟਰ ਧਰਦਿਓ ਅਤੇ ਗੱਗੜਭਾਣਾ ਦੇ ਸਕੂਲਾਂ ਵਿੱਚ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਉਪਰੰਤ ਸੰਬੋਧਨ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਸਿੱਖਿਆ ਨਾਲ ਜਿੱਥੇ ਵਿਦਿਆਰਥੀ ਦਾ ਜੀਵਨ ਸੰਵਰਿਆ ਹੈ, ਉੱਥੇ ਹੀ ਸ਼ਾਖਰਤਾ ਦਰ ਵਿਚ ਵੀ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਇਨਕਲਾਬੀ ਬਦਲਾਅ ਕੀਤੇ ਜਾ ਰਹੇ ਹਨ ਅਤੇ ਪੜ੍ਹੇ ਲਿਖੇ ਨੌਜਵਾਨ ਮੁੰਡੇ ਕੁੜੀਆਂ ਨੂੰ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਬੱਚਿਆਂ ਦਾ ਭਵਿੱਖ ਗੁਣਵੱਤਾ ਭਰਪੂਰ ਸਿੱਖਿਆ ਨਾਲ ਹੀ ਉਜਵੱਲ ਹੋ ਸਕਦਾ ਹੈ, ਜਿਸ ਲਈ ਸਕੂਲਾਂ ਵਿੱਚ ਚੰਗੇ ਅਧਿਆਪਕਾਂ, ਵਧੀਆ ਬੁਨਿਆਦੀ ਢਾਂਚੇ ਤੋਂ ਇਲਾਵਾ ਪੜ੍ਹਨ ਲਈ ਹਰ ਸਹੂਲਤ ਮੁਹੱਈਆ ਕਰਵਾਉਣੀ ਲਾਜ਼ਮੀ ਹੁੰਦੀ ਹੈ, ਜਿਸ ਦੇ ਮੱਦੇਨਜ਼ਰ ਸੂਬਾ ਸਰਕਾਰ ਨੇ ਪਹਿਲ ਕਰਦਿਆਂ ਸਿੱਖਿਆ ਨੂੰ ਲੋਕ ਲਹਿਰ ਬਣਾਇਆ। ਉਨ੍ਹਾਂ ਕਿਹਾ ਕਿ ਸਿੱਖਿਆ ਹੀ ਇਕ ਅਜਿਹੀ ਜਾਗਰੂਕਤਾ ਹੈ ਜੋ ਸਮਾਜ ਦੀ ਬੁਰੀ ਅਲਾਮਤ ਨਸ਼ੇ ਦਾ ਨਾਸ਼ ਕਰਨ ਵਿੱਚ ਸਹਾਈ ਸਿੱਧ ਹੁੰਦੀ ਹੈ। ਬੱਚਿਆਂ ਦੇ ਪੜ੍ਹ ਲਿਖ ਕੇ ਉੱਚ ਅਹੁਦਿਆਂ 'ਤੇ ਪਹੁੰਚਣ ਨਾਲ ਉਨ੍ਹਾਂ ਦੇ ਮਾਪਿਆਂ ਦਾ ਬੁਢਾਪਾ ਵੀ ਸੁਰੱਖਿਅਤ ਹੁੰਦਾ ਹੈ। ਇਸ ਦੇ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ ਤਾਂ ਜੋ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਾ ਰਹੇ। ਇਸ ਮੌਕੇ ਸਕੂਲਾਂ ਦਾ ਸਮੁੱਚਾ ਸਟਾਫ, ਵਿਦਿਆਰਥੀ ਅਤੇ ਪਿੰਡ ਦੇ ਪਤਵੰਤੇ ਆਦਿ ਹਾਜ਼ਰ ਸਨ।

## ਸਰਕਾਰ ਵੱਲੋਂ ਸ਼ਤਾਬਦੀਆਂ ਸਬੰਧੀ ਇਸ਼ਤਿਹਾਰ 'ਚ ਸ੍ਰੀ ਦਰਬਾਰ ਸਾਹਿਬ ਦੀ ਤਸਵੀਰ ਨਾਲ ਛੇੜਛਾੜ ਸਿੱਖ ਭਾਵਨਾਵਾਂ ਨਾਲ ਖਿਲਵਾੜ : ਐਡਵੋਕੇਟ ਧਾਮੀ



ਅੰਮ੍ਰਿਤਸਰ, 24 ਮਈ, (ਗੁਰਦਿਆਲ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਵੱਲੋਂ ਸ਼ਤਾਬਦੀਆਂ ਬਾਰੇ ਸੁਝਾਅ ਲੈਣ ਲਈ ਜਾਰੀ ਕੀਤੇ ਗਏ ਇਸ਼ਤਿਹਾਰ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਵਰਤੀ ਗਈ ਤਸਵੀਰ ਨੂੰ ਕੰਪਿਊਟਰ ਤਕਨੀਕ ਨਾਲ ਵਿਗਾੜਨ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਸਰਕਾਰ ਦੀ ਇਹ ਹਰਕਤ ਸਿੱਖ ਭਾਵਨਾਵਾਂ ਨਾਲ ਵੱਡਾ ਖਿਲਵਾੜ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਨਾਲ ਸਬੰਧਤ ਕੋਈ ਵੀ ਤਸਵੀਰ ਛਾਪਣ ਤੋਂ ਪਹਿਲਾਂ ਸਰਕਾਰ ਨੂੰ ਸ਼੍ਰੋਮਣੀ ਕਮੇਟੀ ਨਾਲ ਸੰਪਰਕ ਜ਼ਰੂਰ ਕਰਨਾ ਚਾਹੀਦਾ ਸੀ। ਐਡਵੋਕੇਟ ਧਾਮੀ ਨੇ ਆਖਿਆ ਕਿ ਸ੍ਰੀ ਦਰਬਾਰ ਸਾਹਿਬ ਸਿੱਖਾਂ ਦੀ ਆਸਥਾ ਦਾ ਕੇਂਦਰ ਹੈ ਅਤੇ ਵਿਸ਼ਵ ਭਰ ਦੇ ਸਿੱਖ ਆਪਣੇ ਮਨਾਂ ਅੰਦਰ ਇਸ ਪਾਵਨ ਅਸਥਾਨ ਦੇ ਸਰੂਪ ਨੂੰ ਵਸਾ ਕੇ ਰੱਖਦੇ ਹਨ। ਇਸ ਦੀ ਏਆਈ ਤਕਨੀਕ ਨਾਲ ਬਣਾਈ ਗਈ ਗਲਤ ਤਸਵੀਰ ਵਿਚ ਨਾ ਸਿਰਫ਼ ਸਿੱਖਾਂ ਦੀ ਸ਼ਰਧਾ ਅਤੇ ਆਸਥਾ ਨਾਲ ਹੀ ਖਿਲਵਾੜ ਕੀਤਾ ਗਿਆ ਹੈ, ਬਲਕਿ ਸਿੱਖਾਂ ਦੀ ਆਤਮਾ ਵਿੱਚ ਵਸੇ ਸ੍ਰੀ ਦਰਬਾਰ ਸਾਹਿਬ ਦੀ ਰੂਹਾਨੀ ਆਭਾ ਨੂੰ ਵੀ ਖੰਡਤ ਕਰਨ ਦੀ ਵੀ ਕੋਝੀ ਹਰਕਤ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖਾਂ ਦੇ ਇਸ ਜੀਵਨ ਦੇਣ ਵਾਲੇ ਪਾਵਨ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਇੰਟਰਨੈੱਟ ਉੱਤੇ ਸੈਂਕੜੇ ਤਸਵੀਰਾਂ ਮਿਲਣ ਦੇ ਬਾਵਜੂਦ ਵੀ ਕੰਪਿਊਟਰ ਦੁਆਰਾ ਛੇੜਛਾੜ ਕਰਕੇ ਇਸ ਨੂੰ ਵਿਗਾੜਨ ਦੀ ਹਰਕਤ ਬੇਹੱਦ ਦੁਖਦਾਈ ਹੈ, ਜਿਸ ਬਾਰੇ ਸਰਕਾਰ ਸਪੱਸ਼ਟ ਕਰੇ ਅਤੇ ਤੁਰੰਤ ਮੁਆਫ਼ੀ ਮੰਗੇ।

ਐਡਵੋਕੇਟ ਧਾਮੀ ਨੇ ਆਖਿਆ ਕਿ ਸ਼ਤਾਬਦੀਆਂ ਦੇ ਸਮਾਗਮ ਮਨਾਉਣੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਦੀ ਹੀ ਜ਼ੁੰਮੇਵਾਰੀ ਹੈ, ਜਦਕਿ ਸਰਕਾਰ ਦਾ ਫ਼ਰਜ਼ ਗੁਰੂ ਸਾਹਿਬ ਨਾਲ ਸਬੰਧਤ ਸ਼ਹਿਰਾਂ ਦੇ ਵਿਕਾਸ ਕਾਰਜ ਕਰਨੇ, ਸੜਕੀ ਢਾਂਚਾ ਵਿਕਸਤ ਕਰਨਾ ਅਤੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨਾਲ ਵਿਚਾਰ-ਵਟਾਂਦਰਾ ਕਰਕੇ ਢੁੱਕਵੀਆਂ ਯਾਦਗਾਰਾਂ ਸਥਾਪਤ ਕਰਨਾ ਹੈ।

## ਕੋਲੰਬੀਆ ਵਿੱਚ ਬੰਦੀ ਬਣਾਏ 5 ਪੰਜਾਬੀਆਂ 'ਚੋਂ ਤਿੰਨ ਮੁੜ ਦੂਤ ਘਰ ਦੀ ਹਿਫਾਜ਼ਤ ਤੋਂ ਭੱਜੇ : ਧਾਲੀਵਾਲ

ਅੰਮ੍ਰਿਤਸਰ, 24 ਮਈ, (ਬਬਲੂ ਮਹਾਜਨ) : ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਬੀਤੇ ਦਿਨੀਂ ਇੱਕ ਵੀਡੀਓ ਵਾਇਰਲ ਹੋਣ ਤੋਂ ਬਾਅਦ ਕੋਲੰਬੀਆ ਵਿੱਚ ਬੰਦੀ ਬਣਾਏ ਪੰਜ ਨੌਜਵਾਨਾਂ, ਜਿਨ੍ਹਾਂ ਨੂੰ ਸਥਾਨਕ ਭਾਰਤੀ ਦੂਤਾਵਾਸ ਨੇ ਆਪਣੀ ਹਿਫਾਜ਼ਤ ਵਿੱਚ ਲੈ ਲਿਆ ਸੀ, ਵਿੱਚੋਂ ਤਿੰਨ ਮੁੜ ਆਪਣੇ ਏਜੰਟਾਂ ਨਾਲ ਸਬੰਧ ਬਣਾ ਕੇ ਭੱਜ ਗਏ ਹਨ। ਅੱਜ ਅਜਨਾਲਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਧਾਲੀਵਾਲ ਨੇ ਦੱਸਿਆ ਕਿ ਉਕਤ ਪੰਜਾਬੀਆਂ ਦੀ ਸੂਚਨਾ ਮਿਲਣ ਉਪਰੰਤ ਪੰਜਾਬ ਸਰਕਾਰ ਨੇ ਵਿਦੇਸ਼ ਮੰਤਰਾਲੇ ਦੀ ਸਹਾਇਤਾ ਨਾਲ ਕੋਲੰਬੀਆ ਸਥਿਤ ਭਾਰਤੀ ਦੂਤਘਰ ਨਾਲ ਰਾਬਤਾ ਕਰਕੇ ਇਹਨਾਂ ਨੌਜਵਾਨਾਂ ਦੀ ਮੱਦਦ ਲਈ ਗੁਹਾਰ ਲਗਾਈ ਸੀ। ਜਿਸ ਉੱਤੇ ਕਾਰਵਾਈ ਕਰਦੇ ਹੋਏ ਸਥਾਨਕ ਦੂਤਘਰ ਨੇ ਕੁਝ ਹੀ ਘੰਟਿਆਂ ਵਿੱਚ ਇਹ ਪੰਜ ਨੌਜਵਾਨਾਂ ਨੂੰ ਆਪਣੀ ਹਿਫਾਜ਼ਤ ਵਿੱਚ ਲੈ ਕੇ ਹੋਸਟਲ ਵਿੱਚ ਠਹਿਰਾ ਦਿੱਤਾ ਸੀ। ਅਜੇ ਉਹਨਾਂ ਦੇ ਵਾਪਸੀ ਪੰਜਾਬ ਭੇਜਣ ਦੇ ਪ੍ਰਬੰਧ ਹੋ ਹੀ ਰਹੇ ਸਨ ਕਿ ਇਹਨਾਂ ਵਿੱਚੋਂ ਤਿੰਨ ਨੌਜਵਾਨ ਕਰਨਦੀਪ ਸਿੰਘ, ਗੁਰਨਾਮ ਸਿੰਘ ਅਤੇ ਰਮਨਦੀਪ ਸਿੰਘ ਨੇ ਆਪਣੇ ਭਾਰਤ ਸਥਿਤ ਏਜੰਟ ਨਾਲ ਫੋਨ ਉੱਤੇ ਰਾਬਤਾ ਕਰ ਲਿਆ ਅਤੇ ਫਿਰ ਬਿਨਾਂ ਕਿਸੇ ਨੂੰ ਦੱਸੇ ਉੱਥੋਂ ਰਵਾਨਾ ਹੋ ਗਏ। ਜਦ ਕਿ ਦੂਸਰੇ ਦੋਵੇਂ ਨੌਜਵਾਨ ਵਾਪਸੀ ਲਈ ਤਿਆਰ ਹਨ। ਉਹਨਾਂ ਨੌਜਵਾਨਾਂ ਅਤੇ ਪੰਜਾਬੀ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਡੌਂਕੀ ਰਸਤੇ ਜੋ ਕਿ ਬਹੁਤ ਖਤਰਨਾਕ ਹਨ ਰਾਹੀਂ ਆਪਣੇ ਬੱਚਿਆਂ ਨੂੰ ਵਿਦੇਸ਼ ਵਿੱਚ ਨਾ ਭੇਜਣ। ਉਹਨਾਂ ਕਿਹਾ ਕਿ ਜਿੰਨੇ ਪੈਸੇ ਲਗਾ ਕੇ ਇਹ ਲੋਕ ਵਿਦੇਸ਼ਾਂ ਵਿੱਚ ਜਾਣ ਦੀ ਕੋਸ਼ਿਸ਼ ਕਰਦੇ ਹਨ ਉੰਨੇ ਪੈਸੇ ਨਾਲ ਇੱਥੇ ਰੁਜ਼ਗਾਰ ਪੈਦਾ ਕੀਤਾ ਜਾ ਸਕਦਾ ਹੈ।

## ਕਮਿਸ਼ਨਰ ਵੱਲੋਂ ਅੰਮ੍ਰਿਤਸਰ ਸ਼ਹਿਰ ਦੇ ਸਫ਼ਾਈ ਪ੍ਰਬੰਧਾਂ ਦੀ ਜਾਂਚ ਕਰਨ ਲਈ ਅਚਨਚੇਤ ਚੈਕਿੰਗ



ਅੰਮ੍ਰਿਤਸਰ, 24 ਮਈ, (ਗੁਰਦਿਆਲ ਸਿੰਘ/ਬਬਲੂ ਮਹਾਜਨ) : ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਸ਼ਹਿਰ ਦਾ ਦੌਰਾ ਕੀਤਾ ਅਤੇ ਸਫਾਈ ਦੇ ਕੰਮ ਅਤੇ ਹੋਰ ਨਾਗਰਿਕ ਸਹੂਲਤਾਂ ਦੀ ਜਾਂਚ ਕੀਤੀ। ਉਨ੍ਹਾਂ ਨੇ ਆਪਣਾ ਦੌਰਾ ਨੋਵਲਟੀ ਚੌਕ ਤੋਂ ਸ਼ੁਰੂ ਕਰਕੇ ਕਸਟਮ ਚੌਂਕ, ਰਿਆਲਟੋ ਚੌਂਕ, ਫਿਰ ਛੇਹਰਟਾ, ਇਸਲਾਮਾਬਾਦ, ਲਾਹੌਰੀ ਗੇਟ, ਭੰਡਾਰੀ ਪੁਲ, ਕੂਪਰ ਰੋਡ ਤੋਂ ਲਾਰੈਂਸ ਰੋਡ ਤੱਕ ਕੀਤਾ। ਉਨ੍ਹਾਂ ਨੇ ਮਿਉਂਸਿਪਲ ਆਟੋ ਵਰਕਸ਼ਾਪ ਵਿਖੇ ਵੀ ਅਚਨਚੇਤ ਚੈਕਿੰਗ ਕੀਤੀ ਅਤੇ ਟਰਾਲੀਆਂ ਦੀ ਆਵਾਜਾਈ ਅਤੇ ਰਿਫਿਊਲਿੰਗ ਦੇ ਕੰਮ ਦੀ ਨਿਗਰਾਨੀ ਕੀਤੀ। ਉਨ੍ਹਾਂ ਨੇ ਕਰਮਚਾਰੀਆਂ ਨੂੰ ਰਿਫਿਊਲਿੰਗ ਪ੍ਰਕਿਰਿਆ ਬਾਰੇ ਮਾਰਗਦਰਸ਼ਨ ਕੀਤਾ। ਇਸ ਦੌਰਾਨ ਮੈਡੀਕਲ ਅਫਸਰ ਆਫ ਹੈਲਥ ਡਾ. ਕਿਰਨ, ਡਾ. ਯੋਗੇਸ਼ ਅਰੋੜਾ ਅਤੇ ਏ.ਐਮ.ਓ.ਐਚ. ਡਾ. ਰਮਾ ਵੀ ਮੌਜੂਦ ਸਨ।

ਇੱਕ ਪ੍ਰੈੱਸ ਬ੍ਰੀਫ ਵਿੱਚ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਨਗਰ ਨਿਗਮ ਅੰਮ੍ਰਿਤਸਰ ਦੇ ਸਾਰੇ ਵਿੰਗ ਸ਼ਹਿਰ ਨੂੰ ਹਰਿਆ-ਭਰਿਆ, ਸਾਫ਼-ਸੁਥਰਾ ਬਣਾਉਣ ਲਈ ਦਿਨ-ਰਾਤ ਕੰਮ ਕਰ ਰਹੇ ਹਨ। ਇਸ ਮੰਤਵ ਲਈ ਗਠਿਤ ਅਫਸਰਾਂ ਦੀਆਂ ਟੀਮਾਂ ਆਪਣੀ ਡਿਊਟੀ ਬਹੁਤ ਵਧੀਆ ਢੰਗ ਨਾਲ ਨਿਭਾ ਰਹੀਆਂ ਹਨ। ਸਭ ਤੋਂ ਮਹੱਤਵਪੂਰਨ ਕੰਮ ਸਫਾਈ ਕਰਮਚਾਰੀਆਂ ਦਾ ਹੈ ਅਤੇ ਉਹ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾ ਰਹੇ ਹਨ। ਨਗਰ ਨਿਗਮ ਅੰਮ੍ਰਿਤਸਰ ਨੇ ਸ਼ਹਿਰ ਦੇ ਹਰ ਵਾਰਡ ਤੋਂ ਕੂੜਾ ਚੁੱਕਣ ਲਈ ਆਪਣੀ ਮਸ਼ੀਨਰੀ ਲਗਾਈ ਹੋਈ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੀਆਂ ਮੁੱਖ ਸੜਕਾਂ 'ਤੇ ਸਥਾਈ ਤੌਰ 'ਤੇ ਤਿੰਨ ਫਟੀਗ ਗੈਂਗ ਤਾਇਨਾਤ ਕੀਤੇ ਗਏ ਹਨ, ਜੋ ਇਨ੍ਹਾਂ ਸੜਕਾਂ ਨੂੰ ਸਾਫ਼-ਸੁਥਰਾ ਰੱਖਣ ਲਈ ਰੋਸਟਰ ਅਨੁਸਾਰ ਵੱਖ-ਵੱਖ ਡਿਊਟੀਆਂ ਨਿਭਾਉਣਗੇ ਅਤੇ ਛੋਟੇ-ਮੋਟੇ ਸਿਵਲ ਕੰਮ ਵੀ ਇਨ੍ਹਾਂ ਗੈਂਗਾਂ ਦੁਆਰਾ ਨੋਡਲ ਅਫਸਰਾਂ ਦੀ ਨਿਗਰਾਨੀ ਹੇਠ ਕੀਤੇ ਜਾਣਗੇ, ਜਿਨ੍ਹਾਂ ਨੂੰ ਪਹਿਲਾਂ ਹੀ ਤਾਇਨਾਤ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਅਚਨਚੇਤ ਚੈਕਿੰਗਾਂ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹਿਣਗੀਆਂ।

## ਗੁਰਪ੍ਰੀਤ ਸਿੰਘ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀ ਭੇਟ



ਜੰਡਿਆਲਾ ਗੁਰੂ, 24 ਮਈ, (ਰਾਮ ਸ਼ਰਨਜੀਤ ਸਿੰਘ) : ਪੱਤਰਕਾਰ ਕਵਲਜੀਤ ਸਿੰਘ ਲਾਡੀ ਦੇ ਛੋਟਾ ਭਰਾ ਗੁਰਪ੍ਰੀਤ ਸਿੰਘ ਦੇ ਪਿੱਛਲੇ ਦਿਨੀਂ ਸਵਰਗ ਸਿਧਾਰ ਜਾਣ 'ਤੇ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਗੁਰਪ੍ਰੀਤ ਸਿੰਘ ਦੇ ਗ੍ਰਹਿ ਪਿੰਡ ਜਬੋਵਾਲ ਵਿਖੇ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਨੇੜੇ ਗੁਰਦੁਆਰਾ ਸਾਹਿਬ ਸੰਗਤ ਸਰ ਵਿਖੇ ਕੀਰਤਨੀ ਜੱਥੇ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੀ ਇਲਾਹੀ ਬਾਣੀ ਦੇ ਕੀਰਤਨ ਹੋਏ। ਕੀਰਤਨ ਉਪਰੰਤ ਕਥਾ ਵਾਚਕਾ ਵੱਲੋਂ ਕਥਾ ਦੇ ਪ੍ਰਵਾਹ ਚਲਾਏ ਗਏ ਕਥਾ ਵਾਚਕਾਂ ਵੱਲੋਂ ਇਸ ਮੌਕੇ ਭਾਰੀ ਗਿਣਤੀ ਵਿੱਚ ਮੌਜੂਦ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਨਸਾਨ ਦਾ ਇਸ ਧਰਤੀ ਉੱਪਰ ਜਨਮ ਲੈਣਾ, ਸੰਸਾਰ ਵਿੱਚ ਵਿਚਾਰਨਾ ਅਤੇ ਇਸ ਦੁਨੀਆਂ ਤੋਂ ਤੁਰ ਜਾਣਾ, ਇਹ ਸਾਰਾ ਕੁਝ ਇਨਸਾਨੀ ਜ਼ਿੰਦਗੀ ਦਾ ਹਿੱਸਾ ਹੈ। ਜਿਸ ਨੂੰ ਕੋਈ ਅਣਦਿੱਖ ਸ਼ਕਤੀ ਚਲਾ ਰਹੀ ਹੈ ਤੇ ਸਭ ਮਾੜਾ ਚੰਗਾ ਨੋਟ ਵੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਫ਼ਾਨੀ ਸੰਸਾਰ ਉਪਰ ਕਾਇਦਾ ਕਾਨੂੰਨ ਨਾਲ਼ ਵਿਚਰਨ ਨਾਲ ਮਨੁੱਖ ਦੁਨੀਆਂ ਵਿੱਚ ਵਡਿਆਈ ਪਾਉਂਦਾ ਹੈ। ਉਨ੍ਹਾਂ ਕਿਹਾ ਕਿ ਮਨੁੱਖ ਆਪਣੇ ਕੀਤੇ ਕੰਮਾਂ ਨਾਲ ਅਕਾਲ ਪੁਰਖ ਦੀ ਕਚਹਿਰੀ ਵਿੱਚ ਮਾਣ ਸਨਮਾਨ ਪਾਉਂਦਾ ਹੈ। ਪੱਤਰਕਾਰ ਕਵਲਜੀਤ ਸਿੰਘ ਲਾਡੀ ਨੇ ਗੁਰਪੀਤ ਸਿੰਘ ਦੀ ਅੰਤਿਮ ਅਰਦਾਸ ਮੌਕੇ ਪਹੁੰਚਣ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪਰਿਵਾਰ ਦੇ ਦੁੱਖ ਵਿਚ ਸ਼ਰੀਕ ਹੋਣ ਵਾਲਿਆਂ ਵਿੱਚ, ਭਾਜਪਾ ਦੇ ਹਲਕਾ ਜੰਡਿਆਲਾ ਗੁਰੂ ਇੰਚਾਰਜ ਹਰਦੀਪ ਸਿੰਘ ਗਿੱਲ, ਗੁਰਚਰਨ ਸਿੰਘ ਬਿੱਟੂ, ਪੱਤਰਕਾਰ ਵਰਿੰਦਰ ਸਿੰਘ ਮਲਹੋਤਰਾ, ਪੱਤਰਕਾਰ ਸੁਨੀਲ ਦੇਵਗਨ, ਬਲਵਿੰਦਰ ਸਿੰਘ ਬੱਬੀ, ਗੁਰਪ੍ਰੀਤ ਸਿੰਘ ਚੰਦੀ, ਪੱਤਰਕਾਰ ਲਖਬੀਰ ਸਿੰਘ ਗਿੱਲ, ਸੁਖਜਿੰਦਰ ਸਿੰਘ ਸੋਨੂ ਪੱਤਰਕਾਰ, ਗੁਰਪ੍ਰੀਤ ਸਿੰਘ ਰਿੰਕੂ ਦਰਸ਼ਨ ਸਿੰਘ ਕੁਲਵੰਤ ਸਿੰਘ, ਡਾਕਟਰ ਅਸ਼ਵਨੀ ਸ਼ਰਮਾ, ਪੱਤਰਕਾਰ ਪਰਗਟ ਸਿੰਘ, ਪੱਤਰਕਾਰ ਹਰਜਿੰਦਰ ਸਿੰਘ ਕਲੇਰ, ਕਾਰੀ, ਦਵਿੰਦਰ ਸਹੋਤਾ, ਆਦਿ ਹਾਜ਼ਰ ਸਨ।

## ਲੋਕ ਅਦਾਲਤ 'ਚ ਹੋਇਆ 23799 ਕੇਸਾਂ ਦਾ ਨਿਪਟਾਰਾ



ਅੰਮ੍ਰਿਤਸਰ, 24 ਮਈ, (ਬਬਲੂ ਮਹਾਜਨ) : ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੋਹਾਲੀ ਦੀਆਂ ਹਦਾਇਤਾਂ ਅਨੁਸਾਰ ਅਮਰਿੰਦਰ ਸਿੰਘ ਗਰੇਵਾਲ, ਜਿਲ੍ਹਾ ਅਤੇ ਸੈਸ਼ਨ ਜੱਜ-ਕਮ ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅਮ੍ਰਿਤਸਰ ਦੀ ਰਹਿਨੁਮਾਈ ਹੇਠ ਅਤੇ ਅਮਰਦੀਪ ਸੰਘ ਬੈਂਸ, ਸਿਵਲ ਜੱਜ-ਸਹਿਤ-ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜੀਆਂ ਦੇ ਯਤਨਾ ਸਦਕਾ ਅੱਜ ਮਿਤੀ 24.05.2025 ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਹ ਕੌਮੀ ਲੋਕ ਅਦਾਲਤ ਜਿਲ੍ਹਾ ਕਚਿਹਰੀਆਂ, ਅੰਮ੍ਰਿਤਸਰ ਅਤੇ ਇਸ ਦੇ ਨਾਲ ਤਹਿਸੀਲ ਅਜਨਾਲਾ ਅਤੇ ਬਾਬਾ ਬਕਾਲਾ ਸਾਹਿਬ ਵਿਖੇ ਵੀ ਲਗਾਈ ਗਈ। ਇਸ ਕੌਮੀ ਲੋਕ ਅਦਾਲਤ ਵਿੱਚ ਦੀਵਾਨੀ ਅਤੇ ਫੌਜਦਾਰੀ ਅਦਾਲਤਾਂ ਵਿਖੇ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਚੈਂਕ ਬਾਊਸ, ਬੈਂਕ ਰਿਕਵਰੀ, ਜਮੀਨੀ ਵਿਵਾਦਾਂ, ਘਰੇਲੂ ਝਗੜਿਆਂ ਅਤੇ ਹੋਰ ਤਕਰੀਬਨ ਸਾਰੇ ਕਿਸਮਾਂ ਦੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਕੌਮੀ ਲੋਕ ਅਦਾਲਤ ਦੀ ਵੱਧ ਤੋ ਵੱਧ ਸਫਲਤਾ ਲਈ ਜਿਲ੍ਹਾ ਕਚਿਹਰੀਆਂ, ਅੰਮ੍ਰਿਤਸਰ ਅਤੇ ਤਹਿਸੀਲਾਂ ਅਜਨਾਲਾ ਅਤੇ ਬਾਬਾ ਬਕਾਲਾ ਸਾਹਿਬ ਵਿੱਚ ਕੁੱਲ 32 ਬੈਂਚ ਬਣਾਏ ਗਏ ਸਨ, ਜਿਸ ਵਿੱਚੋਂ 25 ਬੈਂਚ ਅੰਮ੍ਰਿਤਸਰ ਅਦਾਲਤਾਂ, 1 ਬੈਂਚ ਸਥਾਈ ਲੋਕ ਅਦਾਲਤ, 1 ਬੈਂਚ ਲੇਬਰ ਕੋਰਟ, 3 ਬੈਂਚ ਅਜਨਾਲਾ, 2 ਬੈਂਚ ਬਾਬਾ ਬਕਾਲਾ ਸਾਹਿਬ ਤਹਿਸੀਲਾਂ ਵਿੱਚ ਲਗਾਏ ਗਏ।

ਪੁਲਿਸ ਵਿਭਾਗ ਵੱਲੋਂ ਵੀ ਮਹਿਲਾ ਕਾਊਂਸਲਿੰਗ ਸੇਲਾਂ ਵਿੱਚ ਪਰਿਵਾਰਿਕ ਝਗੜਿਆ ਦੇ ਨਿਪਟਾਰੇ ਵਾਸਤੇ ਲੋਕ ਅਦਾਲਤ ਬੈਂਚ ਲਗਾਏ ਗਏ। ਇਸ ਤੋਂ ਇਲਾਵਾ ਵੀ ਵੱਖ-ਵੱਖ ਵਿਭਾਗਾਂ ਵੱਲੋਂ ਲੋਕ ਭਲਾਈ ਵਾਸਤੇ ਲੋਕ ਅਦਾਲਤ ਦੇ ਮਨੋਰਥ ਨੂੰ ਸਫਲ ਬਣਾਉਣ ਵਾਸਤੇ ਲੋਕ ਅਦਾਲਤ ਬੈਂਚ ਲਗਾਏ, ਜਿਨ੍ਹਾਂ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਕੇਸਾਂ ਦਾ ਨਿਪਟਾਰਾ ਕੀਤਾ ਗਿਆ।

ਇਸ ਕੌਮੀ ਲੋਕ ਅਦਾਲਤ ਦੇ ਸਾਰੇ ਬੈਂਚਾਂ ਵੱਲੋਂ ਕੁੱਲ 30270 ਕੇਸ ਸੁਣਵਾਈ ਵਾਸਤੇ ਰੱਖੇ ਗਏ ਸਨ, ਜਿਹਨਾਂ ਵਿੱਚੋਂ 23799 ਕੇਸਾਂ ਦਾ ਆਪਸੀ ਰਾਜੀਨਾਮੇ ਨਾਲ ਨਿਪਟਾਰਾ ਕੀਤਾ ਗਿਆ।

## ਜ਼ਿਲ੍ਹਾ ਪ੍ਰਸ਼ਾਸਨ ਨੇ ਨਸ਼ਾ ਤਸਕਰ ਸੰਨੀ ਗੁੱਲਾ ਦੇ ਘਰ ਉੱਤੇ ਚਲਾਇਆ ਬੁਲਡੋਜ਼ਰ



ਅੰਮ੍ਰਿਤਸਰ, 24 ਮਈ, (ਬਬਲੂ ਮਹਾਜਨ) : ਅੱਜ ਕਾਰਪੋਰੇਸ਼ਨ ਅੰਮ੍ਰਿਤਸਰ ਨੇ ਕਮਿਸ਼ਨਰੇਟ ਪੁਲਿਸ,ਅੰਮ੍ਰਿਤਸਰ ਦੇ ਸਹਿਯੋਗ ਨਾਲ ਥਾਣਾ ਮੋਹਕਮਪੁਰਾ ਵਿੱਖੇ ਨਸ਼ਾ ਤਸਕਰ ਸੰਨੀ ਗੁੱਲਾ ਦੀ ਰਿਹਾਇਸ਼ ਮਕਾਨ ਜੇ ਸੀ ਬੀ ਦੀ ਮੱਦਦ ਨਾਲ ਢਾਹ ਦਿੱਤਾ। ਦੱਸਣ ਯੋਗ ਹੈ ਕਿ ਇਹ ਮਕਾਨ ਨਸ਼ਾ ਤਸਕਰ ਸੰਨੀ ਗੁੱਲਾ ਪੁੱਤਰ ਬਿੱਟੂ ਸਿੰਘ ਦਾ ਸੀ, ਜਿਸ ਦਾ ਪਤਾ ਮਕਾਨ ਨੰਬਰ 3033, ਤੁੰਗ ਪਾਈ, ਬਟਾਲਾ ਰੋਡ, ਥਾਣਾ ਮੋਹਕਮਪੁਰਾ ਹੈ।

ਇਸ ਮੌਕੇ ਪੁਲਿਸ ਕਮਿਸ਼ਨਰ ਸ੍ਰੀ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸੰਨੀ ਗੁੱਲਾ ਦੇ ਖਿਲਾਫ਼ ਪਹਿਲਾਂ ਹੀ 8 ਮੁਕੱਦਮੇ, ਜਿਨ੍ਹਾਂ ਵਿੱਚ 4 ਮੁਕੱਦਮੇ ਐਨ.ਡੀ.ਪੀ.ਐਸ ਐਕਟ, 2 ਮੁਕੱਦਮੇਂ ਇਰਾਦਾ ਕਤਲ, 1 ਮੁਕੱਦਮਾ ਪਰੀਜ਼ਨ ਐਕਟ ਤੇ 1 ਮੁਕੱਦਮਾ ਲੜਾਈ ਝਗੜਾ ਦਰਜ਼ ਹਨ, ਦਾ ਵੱਖ ਵੱਖ ਥਾਨਿਆਂ ਵਿੱਚ ਦਰਜ ਹੈ। ਉਹਨਾਂ ਦੱਸਿਆ ਕਿ ਇਹ ਲੰਮੇ ਸਮੇਂ ਤੋਂ ਨਸ਼ਾ ਤਸਕਰੀ ਦੇ ਧੰਦੇ ਵਿੱਚ ਸ਼ਾਮਿਲ ਹੈ ਅਤੇ ਪੁਲਿਸ ਨੇ ਇਸ ਉੱਤੇ ਵੱਖ-ਵੱਖ ਥਾਨਿਆਂ ਵਿੱਚ ਮੁਕੱਦਮੇ ਦਰਜ ਕੀਤੇ ਹਨ। ਉਹਨਾਂ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੋ ਵਿਅਕਤੀ ਕਿਸੇ ਦਾ ਘਰ ਬਰਬਾਦ ਕਰਦਾ ਹੈ, ਲੋਕਾਂ ਦੀਆਂ ਜ਼ਿੰਦਗੀਆਂ ਬਰਬਾਦ ਕਰ ਦਿੰਦਾ ਹੈ, ਉਸ ਨੂੰ ਸੁੱਖ ਨਾਲ ਰਹਿਣ ਦਾ ਕੋਈ ਅਧਿਕਾਰ ਨਹੀਂ।

ਉਹਨਾਂ ਕਿਹਾ ਕਿ ਪੰਜਾਬ ਪੁਲਿਸ ਨਸ਼ਿਆਂ ਦੇ ਖਾਤਮੇ ਲਈ ਦ੍ਰਿੜ ਹੈ ਅਤੇ ਜੋ ਵੀ ਵਿਅਕਤੀ ਨਸ਼ਾ ਤਸਕਰੀ ਦੇ ਭੈੜੇ ਕੰਮ ਵਿੱਚ ਸ਼ਾਮਲ ਹੈ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਕਿਹਾ ਕਿ ਨਸ਼ਾ ਤਸਕਰ ਜਾਂ ਤਾਂ ਪੰਜਾਬ ਛੱਡ ਕੇ ਬਾਹਰ ਚਲੇ ਜਾਣ ਜਾਂ ਨਸ਼ੇ ਦਾ ਧੰਦਾ ਛੱਡ ਕਿ ਆਪਣੀ ਗਲਤੀ ਕਬੂਲਦੇ ਹੋਏ ਅੱਗੇ ਤੋਂ ਇਸ ਕੰਮ ਨੂੰ ਤੌਬਾ ਕਰ ਜਾਣ।

ਉਹਨਾਂ ਦੱਸਿਆ ਕਿ ਸੰਨੀ ਗੁੱਲਾ ਨੇ ਇਹ ਨਾਜਾਇਜ਼ ਉਸਾਰੀ ਕੀਤੀ ਹੋਈ ਸੀ, ਜਿਸ ਨੂੰ ਅੱਜ ਕਾਰਪੋਰੇਸ਼ਨ ਅੰਮ੍ਰਿਤਸਰ ਨੇ ਢਾਹ ਦਿੱਤਾ ਹੈ। ਇਸ ਮੌਕੇ ਸ੍ਰੀ ਆਲਮ ਵਿਜੇ ਸਿੰਘ ਡੀਸੀਪੀ ਲਾ ਐਂਡ ਆਰਡਰ, ਡਾਕਟਰ ਸ਼ੀਤਲ ਸਿੰਘ ਏਸੀਪੀ ਈਸਟ ਅੰਮ੍ਰਿਤਸਰ ਅਤੇ ਹੋਰ ਪੁਲਿਸ ਅਧਿਕਾਰੀ ਵੀ ਹਾਜ਼ਰ ਸਨ।

## ਖ਼ਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕਤਾ ਰੈਲੀ




ਅੰਮ੍ਰਿਤਸਰ, 24 ਮਈ, (ਬਬਲੂ ਮਹਾਜਨ) : ਖ਼ਾਲਸਾ ਕਾਲਜ ਆਫ਼ ਨਰਸਿੰਗ ਵਿਖੇ ਸਲੋਗਨ ਲਿਖਣ ਮੁਕਾਬਲਾ ਅਤੇ ਨੁੱਕੜ ਨਾਟਕ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ.ਅਮਨਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਪੰਜਾਬ 'ਚ ਨਸ਼ਿਆ ਵਿਰੁੱਧ ਲੜਾਈ ਦੇ ਮਿਸ਼ਨ ਨਾਲ ਸਰਕਾਰ ਵੱਲੋਂ ਚਲਾਏ ਜਾ ਰਹੇ ਬੱਡੀ ਪ੍ਰੋਗਰਾਮ ਤਹਿਤ ਗਤੀਵਿਧੀਆਂ ਕਰਵਾਈਆਂ ਗਈਆਂ।ਜਿਸ ਦਾ ਮੁੱਖ ਵਿਸ਼ਾ 'ਨਸ਼ਿਆ ਤੋਂ ਬਚਾਅ ਤੇ ਨਸ਼ੇ ਦੇ ਬੁਰੇ ਪ੍ਰਭਾਵ' ਰੱਖਿਆ ਗਿਆ।

ਇਸ ਸਬੰਧੀ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਨਿਵੇਕਲੇ ਸਲੋਗਨ ਤੇ ਰੰਗਾਂ ਦੀ ਵਿਉਂਤਬੰਦੀ ਕਲਾਕਾਰੀ ਨਾਲ ਨਸ਼ਿਆਂ ਤੋਂ ਬਚਣ ਦਾ ਸੁਨੇਹਾ ਦਿੱਤਾ।ਉਨ੍ਹਾਂ ਕਿਹਾ ਕਿ ਨਸ਼ੇ ਦੇ ਬੁਰੇ ਅਸਰ ਨੁੱਕੜ ਨਾਟਕ ਕਾਲਜ ਦੇ ਕਮਿਊਨਟੀ ਏਰੀਆ ਨਰਾਇਣਗੜ੍ਹ ਵਿਖੇ ਖੇਡਿਆ ਗਿਆ।ਇਸ ਨਾਟਕ ਰਾਹੀ ਵਿਦਿਆਰਥੀਆਂ ਨੇ ਆਮ ਜਨਤਾ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ।ਇਸ ਮੌਕੇ ਇਲਾਕਾ ਨਿਵਾਸੀਆਂ ਨੇ ਨਾਟਕ ਉਪਰੰਤ ਨਸ਼ੇ ਸਬੰਧੀ ਕਈ ਸਵਾਲ ਪੁੱਛੇ ਅਤੇ ਨਸ਼ੇ 'ਤੇ ਆਧਾਰਿਤ ਕਈ ਮਿੱਥ ਦੂਰ ਕੀਤੇ।

## ਸਰਕਾਰੀ ਸਕੂਲਾਂ ਦੀ ਕਾਇਆ ਕਲਪ ਲਈ ਪੰਜਾਬ ਸਰਕਾਰ ਨੇ ਲਏ ਇਤਿਹਾਸਿਕ ਫ਼ੈਸਲੇ : ਧਾਲੀਵਾਲ



ਅਜਨਾਲਾ, 24 ਮਈ, (ਸੁਖਦੇਵ ਸਿੰਘ ਖਾਲਸਾ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ 'ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ' ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਲਈ ਇਤਿਹਾਸਿਕ ਫੈਸਲੇ ਲਏ ਹਨ, ਜਿਸ ਨਾਲ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪਿੰਡ ਰਿਆੜ, ਚੱਕ ਫੂਲਾ ਤੇ ਨੰਗਲ ਵੰਝਾਂ ਵਾਲਾ ਦੇ ਸਰਕਾਰੀ ਸਕੂਲਾਂ ਵਿਖੇ ਸਿੱਖਿਆ ਕ੍ਰਾਂਤੀ ਦੇ ਮੱਦੇਨਜ਼ਰ ਕਰਵਾਏ ਗਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਸਾਡੀ ਸਰਕਾਰ ਦਾ ਮੰਨਣਾ ਹੈ ਕਿ ਸਿੱਖਿਆ ਤੋਂ ਬਿਨਾਂ ਸਾਡੇ ਸਮਾਜ ਦਾ ਸਮੁੱਚਾ ਵਿਕਾਸ ਨਹੀਂ ਹੋ ਸਕਦਾ, ਇਸ ਲਈ ਬੱਚਿਆਂ ਦੀ ਸਿੱਖਿਆ ਉੱਤੇ ਵੱਧ ਤੋਂ ਵੱਧ ਜ਼ੋਰ ਭਗਵੰਤ ਮਾਨ ਸਰਕਾਰ ਦੇ ਰਹੀ ਹੈ। ਉਹਨਾਂ ਕਿਹਾ ਕਿ ਇਸ ਸਰਹੱਦੀ ਪੱਟੀ ਵਿੱਚ ਪਿਛਲੇ 70 ਸਾਲਾਂ ਤੋਂ ਕਿਸੇ ਨੇ ਵੀ ਸਕੂਲਾਂ ਦੀ ਸਾਰ ਨਹੀਂ ਸੀ ਲਈ ਅਤੇ ਅੱਜ ਇਹਨਾਂ ਸਕੂਲਾਂ ਵਿੱਚ ਡਿਜੀਟਲ ਕਲਾਸ ਰੂਮ ਬਣ ਚੁੱਕੇ ਹਨ।

ਇਸ ਮੌਕੇ ਉਹਨਾਂ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਨੌਜਵਾਨਾਂ, ਲੜਕੇ ਅਤੇ ਲੜਕੀਆਂ ਨੂੰ ਸਵੈ ਰੋਜ਼ਗਾਰ ਤੇ ਉਨ੍ਹਾਂ ਨੂੰ ਰੋਜ਼ਗਾਰ ਦੇ ਕਾਬਲ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜ ਰਹੀ ਹੈ ਤਾਂ ਜੋ ਉਹ ਚੰਗੀ ਮੁਹਾਰਤ ਹਾਸਲ ਕਰਕੇ ਵਿਦਿਆਰਥੀਆਂ ਨੂੰ ਵਧੀਆ ਸਿੱਖਿਆ ਮੁਹੱਈਆ ਕਰਵਾ ਸਕਣ।

ਇਸ ਮੌਕੇ ਕੈਬਨਿਟ ਮੰਤਰੀ ਨੇ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਖਤ ਤੋਂ ਸਖਤ ਮਿਹਨਤ ਕਰਕੇ ਆਪਣੇ ਮਿੱਥੇ ਟੀਚੇ ਨੂੰ ਸਰ ਕਰਦਿਆਂ ਆਪਣੇ ਮਾਪਿਆਂ ਦਾ ਨਾਮ ਚਮਕਾਉਣ। ਇਸ ਮੌਕੇ ਸਕੂਲ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਅਤੇ ਪਿੰਡ ਦੀ ਪੰਚਾਇਤ ਅਤੇ ਹੋਰ ਪ੍ਰਮੁੱਖ ਸ਼ਖ਼ਸ਼ੀਅਤਾਂ ਆਦਿ ਹਾਜ਼ਰ ਸਨ।

## ਆਧੁਨਿਕ ਸਹੂਲਤਾਂ ਨਾਲ ਲੈਸ ਹੋ ਰਹੇ ਨੇ ਪੰਜਾਬ ਦੇ ਸਰਕਾਰੀ ਸਕੂਲ : ਜੱਗਾ ਮਜੀਠੀਆ



ਤਰਸਿੱਕਾ, 24 ਮਈ, (ਦਵਿੰਦਰ ਸਿੰਘ ਤਰਸਿੱਕਾ) : ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਪੰਜਾਬ ਵਿੱਚ ਇਕ ਵੱਡਾ ਬਦਲਾਅ ਲੈ ਕੇ ਆਵੇਗੀ ਅਤੇ ਜਲਦ ਹੀ ਸਾਡਾ ਸੂਬਾ ਦੇਸ਼ ਭਰ ਵਿੱਚ ਸਿੱਖਿਆ ਦੇ ਖੇਤਰ ਵਿਚ ਮੋਹਰੀ ਬਣ ਕੇ ਉਭਰੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਜਗਵਿੰਦਰਪਾਲ ਸਿੰਘ ਜੱਗਾ ਮਜੀਠੀਆ ਨੇ ਪੰਜਾਬ ਸਰਕਾਰ ਵਲੋਂ 'ਸਿੱਖਿਆ ਕ੍ਰਾਂਤੀ ਮੁਹਿੰਮ' ਤਹਿਤ ਸਰਕਾਰੀ ਮਿਡਲ ਸਕੂਲ ਤਲਵੰਡੀ ਖੁੰਮਣ, ਸਰਕਾਰੀ ਐਲੀਮੈਂਟਰੀ ਸਕੂਲ ਤਲਵੰਡੀ ਖੁੰਮਣ, ਸਰਕਾਰੀ ਐਲੀਮੈਂਟਰੀ ਸਕੂਲ ਰੰਗੀਲਪੁਰਾ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਮੁਘੋਸੋਹੀ ਵਿਖੇ ਨਵੇਂ ਕਲਾਸ ਰੂਮ, ਚਾਰਦੀਵਾਰੀ ਆਦਿ ਬਣਾਉਣ ਦੇ ਵਿਕਾਸ ਕਾਰਜ ਲੋਕ ਅਰਪਨ ਕੀਤੇ। ਉਨ੍ਹਾਂ ਕਿਹਾ ਕਿ ਕਿਹਾ ਸਿੱਖਿਆ ਨੂੰ ਹੋਰ ਆਧੁਨਿਕ ਰੂਪ ਦੇਣ ਅਤੇ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਸੁਚੇਤ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਕਰੋੜਾਂ ਰੁਪਏ ਖਰਚ ਕਰਕੇ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸੀਲ ਹੈ। ਪੰਜਾਬ ਦੇ ਸਰਕਾਰੀ ਸਕੂਲਾਂ ਨੇ ਪਿਛਲੇ ਤਿੰਨ ਸਾਲਾਂ ਵਿੱਚ ਬਹੁਤ ਤਰੱਕੀ ਕੀਤੀ ਹੈ ਅਤੇ ਸਕੂਲ ਲਗਾਤਾਰ ਆਧੁਨਿਕੀਕਰਨ ਵੱਲ ਵੱਧ ਰਹੇ ਹਨ। ਇਸ ਮੌਕੇ ਜ਼ਿਲ੍ਹਾ ਸਿੱਖਿਆ ਕੋਆਰਡੀਨੇਟਰ ਸਰਪੰਚ ਪਲਵਿੰਦਰ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਪ੍ਰਿਤਪਾਲ ਸਿੰਘ ਬੱਲ, ਪ੍ਰਧਾਨ ਸੁਖਚੈਨ ਸਿੰਘ ਤਲਵੰਡੀ, ਸਰਪੰਚ ਰਾਜ ਕੁਮਾਰ ਲੁੱਧੜ, ਸਰਪੰਚ ਹਰਪਾਲ ਸਿੰਘ ਸੋਹੀ, ਸਰਪੰਚ ਸਤਨਾਮ ਸਿੰਘ ਰੰਗੀਲਪੁਰਾ, ਸਰਪੰਚ ਲਖਵਿੰਦਰ ਸਿੰਘ ਬੇਗੇਵਾਲ, ਗੁਰਵਿੰਦਰ ਸਿੰਘ ਬਿੱਲਾ, ਦਲਜੀਤ ਸਿੰਘ ਕਾਹਲੋਂ, ਗੁਰਿੰਦਰਪਾਲ ਸਿੰਘ ਮਿੰਟਾ, ਰਾਜਬੀਰ ਸਿੰਘ ਰਾਜਾ, ਗਿਆਨੀਂ ਪਾਲ ਸਿੰਘ, ਤੇਜਾ ਸਿੰਘ, ਤਰਸੇਮ ਗਿੱਲ, ਨੱਥਾ ਸਿੰਘ, ਸੁੱਖਾ ਚਾਚੋਵਾਲੀ ਆਦਿ ਹਾਜ਼ਰ ਸਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਯੁੱਧ ਨਸ਼ਿਆਂ ਵਿਰੁੱਧ ਚੰਗੀਆਂ ਸੇਵਾਵਾਂ ਨਿਭਾਉਣ 'ਤੇ ਪੁਲਿਸ ਚੌਂਕੀ ਜੈਂਤੀਪੁਰ ਦੇ ਇੰਚਾਰਜ ਜਸਬੀਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿੱਦਿਆ, ਖੇਡਾਂ ਅਤੇ ਸਭਿਆਚਾਰ ਦੇ ਖੇਤਰ 'ਤੇ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਮਿਡਲ ਸਕੂਲ ਇੰਚਾਰਜ ਅਰੁਣ ਸ਼ਰਮਾ, ਵੀਰਪਾਲ ਕੌਰ, ਐਲੀਮੈਂਟਰੀ ਦੇ ਹੈੱਡ ਟੀਚਰ ਰਣਜੀਤ ਲਾਲ, ਅਮਨਦੀਪ ਸਿੰਘ, ਜਰਮਨਜੀਤ ਕੌਰ, ਕੁਲਜੀਤ ਕੌਰ, ਐਲੀਮੈਂਟਰੀ ਸਕੂਲ ਰੰਗੀਲਪੁਰ ਦੇ ਹੈੱਡ ਟੀਚਰ ਬਲਹਾਰ ਸਿੰਘ, ਮੁਘੋਸੋਹੀ ਦੇ ਹੈੱਡ ਟੀਚਰ ਰਾਜਵਿੰਦਰ ਕੌਰ, ਸਰਬਜੀਤ ਕੌਰ, ਸੈਂਟਰ ਹੈੱਡ ਟੀਚਰ ਹਰਵਿੰਦਰ ਵਿੱਕੀ, ਭੁਪਿੰਦਰ ਸਿੰਘ ਅਬਦਾਲ, ਸਰਕਾਰੀ ਹਾਈ ਸਕੂਲ ਅਬਦਾਲ ਦੇ ਹੈੱਡ ਟੀਚਰ ਰੁਪਿੰਦਰ ਕੌਰ, ਡੀ.ਪੀ.ਈ ਜਗਦੀਪ ਸਿੰਘ, ਸੰਯੋਗਿਤਾ ਸ਼ਰਮਾ ਆਦਿ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

## ਸਰਕਾਰੀ ਐਲੀਮੈਂਟਰੀ ਸਕੂਲ ਸਰਹਾਲਾ ਦਾ ਮਾਮਲਾ ਭੱਖਿਆ, ਟੀਚਰ ਮੁਅੱਤਲ



ਤਰਸਿੱਕਾ, 24 ਮਈ, (ਦਵਿੰਦਰ ਸਿੰਘ ਤਰਸਿੱਕਾ): ਸਰਕਾਰੀ ਐਲੀਮੈਂਟਰੀ ਸਕੂਲ ਸਰਹਾਲਾ ਦੇ ਬੰਦ ਹੋਣ 'ਤੇ ਸਕੂਲ ਲਈ ਆਈਆਂ ਗ੍ਰਾਂਟਾਂ, ਸਕੂਲੀ ਸਾਮਾਨ ਦੀ ਜਾਂਚ ਸੰਬੰਧੀ ਪਿੰਡ ਸਰਹਾਲਾ ਦੀ ਸਰਪੰਚ ਨਰਿੰਦਰ ਕੌਰ ਦੇ ਲੜਕੇ ਹਰਭੇਜ ਸਿੰਘ, ਜਗਦੀਪ ਸਿੰਘ ਮੰਗਲ ਅਤੇ ਹੋਰ ਪਿੰਡ ਵਾਸੀਆਂ ਨੇ ਦੱਸਿਆ ਕਿ ਅਸੀਂ ਇਹ ਮਸਲਾ ਉੱਚ ਅਧਿਕਾਰੀਆਂ ਦੇ ਧਿਆਨ ਹਿੱਤ ਲਿਆਂਦਾ ਅਤੇ ਇਸਦੀ ਜਾਂਚ ਬੇਨਤੀ ਕੀਤੀ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਅਧਿਕਾਰੀਆਂ ਦੀਆਂ ਗਲਤੀ ਕਾਰਨ ਸਕੂਲ ਬੰਦ ਹੋਇਆ ਹੈ, ਉਨ੍ਹਾਂ ਅਧਿਕਾਰੀਆਂ ਵਿਰੁੱਧ ਵਿਭਾਗ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਇਸ ਸੰਬੰਧੀ ਸੈਂਟਰ ਹੈੱਡ ਟੀਚਰ ਗੁਰਦਰਸ਼ਨ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਮੈਂ 8ਵਾਂ ਲਿਖਤੀ ਪੱਤਰ ਭੇਜ ਚੁੱਕਾ ਹਾਂ। ਇਸ ਸੰਬੰਧੀ ਬਲਾਕ ਸਿੱਖਿਆ ਅਫਸਰ ਜਤਿੰਦਰ ਸਿੰਘ ਨੇ ਕਿਹਾ ਕਿ ਅਸੀਂ ਜ਼ਿਲ੍ਹਾ ਸਿੱਖਿਆ ਅਫਸਰ ਦੇ ਧਿਆਨ 'ਚ ਲਿਆਂਦਾ ਸੀ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਅਧਿਆਪਕ ਨੂੰ ਸਸਪੈਂਡ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਅਸੀਂ ਅੱਜ ਪਿੰਡ ਦੇ ਸਰਪੰਚ ਅਤੇ ਹੋਰ ਪਿੰਡ ਵਾਸੀਆਂ ਦੇ ਸਹਿਯੋਗ ਨਾਲ 4 ਬੱਚੇ ਦਾਖਲ ਕਰ ਲਏ ਹਨ। ਸਕੂਲ ਨੂੰ ਚਾਲੂ ਕਰਨ ਲਈ ਸਟਾਫ ਪਿੰਡ ਦੇ ਸਹਿਯੋਗ ਨਾਲ ਹੋਰ ਬੱਚਿਆਂ ਨੂੰ ਸਕੂਲ ਆਉਣ ਲਈ ਪ੍ਰੇਰਿਤ ਕਰੇਗਾ।

## ਅਜਨਾਲਾ ਦੇ ਸਰਹੱਦੀ ਪਿੰਡਾਂ 'ਚ ਧਾਲੀਵਾਲ ਨੇ ਨਸ਼ਾ ਮੁਕਤੀ ਯਾਤਰਾ 'ਚ ਸੈਂਕੜੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਚੁਕਵਾਈ ਸਹੁੰ



ਅਜਨਾਲਾ, 24 ਮਈ, (ਸੁਖਦੇਵ ਸਿੰਘ ਖਾਲਸਾ) : ਅੱਜ ਹਲਕਾ ਵਿਧਾਇਕ ਤੇ ਪਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਕੁਦਰਤੀ ਆਫਤ, ਤੇਜ਼ ਹਨੇਰੀ, ਝੱਖੜ ਤੇ ਮੀਂਹ ਦਰਮਿਆਨ ਹਲਕਾ ਅਜਨਾਲਾ ਤਹਿਤ ਪੈਂਦੇ ਭਾਰਤ -ਪਾਕਿ ਸਰਹੱਦ ਦੇ ਐਨ ਨੇੜੇ ਪਿੰਡ ਹਾਸ਼ਮਪੁਰਾ, ਬਿਕਰਾਊਰ ਤੇ ਸ਼ੇਖ ਭੱਟੀ ਪਿੰਡਾਂ 'ਚ ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਾ ਮੁਕਤੀ ਯਾਤਰਾ ਰੈਲੀਆਂ ਲਈ ਲਗਾਏ ਗਏ ਚਾਨਣੀਆਂ, ਕਨਾਤਾਂ ਉੱਡ ਗਏ, ਪਰ ਇਨ੍ਹਾਂ ਸਰਹੱਦੀ ਪਿੰਡਾਂ ਦੇ ਲੋਕਾਂ ਨੇ ਨਸ਼ਾ ਮੁਕਤੀ ਯਾਤਰਾ ਨਾਲ ਇਕਮੁੱਠਤਾ ਦਾ ਪ੍ਰਗਟਾਵਾ ਕਰਨ ਅਤੇ ਦੇਸ਼ ਭਗਤੀ ਦਾ ਸਬੂਤ ਦਿੰਦਿਆਂ ਪੰਡਾਲ ਵਾਲੇ ਖੁੱਲ੍ਹੇ ਥਾਵਾਂ ਦੀ ਥਾਂ ਆਪਣੇ ਆਪਣੇ ਪਿੰਡ 'ਚ ਸਾਂਝੀਆਂ ਛੱਤ ਵਾਲੀਆਂ ਵੱਡੀਆਂ ਥਾਵਾਂ (ਕਮਿਊਨਿਟੀ ਹਾਲ ਆਦਿ) ਵਿਖੇ ਵੱਡੀ ਗਿਣਤੀ 'ਚ ਪੁੱਜ ਕੇ ਨਸ਼ਾ ਮੁਕਤੀ ਯਾਤਰਾ ਇਕੱਠਾਂ 'ਚ ਸਰਗਰਮੀ ਨਾਲ ਸ਼ਮੂਲੀਅਤ ਕੀਤੀ। ਇਨ੍ਹਾਂ ਨਸ਼ਾ ਮੁਕਤੀ ਯਾਤਰਾ ਇਕੱਠਾਂ ਦੀ ਅਗਵਾਈ ਕਰਦਿਆਂ ਕੈਬਨਿਟ ਮੰਤਰੀ ਪੰਜਾਬ ਧਾਲੀਵਾਲ ਨੇ ਨਸ਼ਾ ਨਾ ਸੇਵਨ ਕਰਨ ਅਤੇ ਨਸ਼ਾ ਨਾ ਵੇਚਣ ਲਈ ਸਹੁੰ ਚੁਕਵਾਉਂਦਿਆਂ ਇਨ੍ਹਾਂ ਸਰਹੱਦੀ ਲੋਕਾਂ ਦੀ ਭਾਰੀ ਕੁਦਰਤੀ ਆਫਤਾਂ ਦੇ ਬਾਵਜੂਦ ਯੁੱਧ ਨਸ਼ਿਆਂ ਵਿਰੁੱਧ ਤੇ ਨਸ਼ਾ ਮੁਕਤੀ ਯਾਤਰਾ ਨੂੰ ਆਪ ਮੁਹਾਰਾ ਹੁਲਾਰਾ ਦੇਣ ਲਈ ਉਨ੍ਹਾਂ ਦੀ ਦੇਸ਼ ਭਗਤੀ ਦੀ ਭਰਵੀਂ ਸ਼ਲਾਘਾ ਕੀਤੀ। ਇਨ੍ਹਾਂ ਨਸ਼ਾ ਰੈਲੀਆਂ ਦੌਰਾਨ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੌਰਾਨ ਪੰਜਾਬ 'ਚ ਨਸ਼ਾ ਤਸਕਰਾਂ ਦੀ ਖੈਰ ਨਹੀਂ, ਕਿਉਂਕਿ ਸੂਬਾ ਮਾਨ ਸਰਕਾਰ ਨਸ਼ਾ ਤਸਕਰਾਂ ਨੂੰ ਕਦਾਚਿਤ ਬਰਦਾਸ਼ਤ ਨਹੀਂ ਕਰ ਰਹੀ ਅਤੇ ਨਸ਼ਾ ਤਸਕਰਾਂ ਦੇ ਪੁਲਿਸ ਟੇਟੇ ਚੜ੍ਹਣ ਦੇ ਹੁਣ ਦਿਨ ਨਹੀਂ ਬਚੇ, ਬੁਖਲਾਹਟ 'ਚ ਆ ਕੇ ਨਸ਼ਾ ਤਸਕਰ ਪੰਜਾਬ 'ਚੋਂ ਬਾਹਰ ਦਾ ਰਸਤਾ ਨਾਪ ਰਹੇ ਹਨ।ਕਿਉਂਕਿ ਪਹਿਲੀ ਮਾਰਚ ਤੋਂ ਯੁੱਧ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ 85 ਦਿਨਾਂ 'ਚ 13 ਹਜਾਰ ਦੇ ਕਰੀਬ ਨਸ਼ਾ ਤਸਕਰ ਪੁਲਿਸ ਦੇ ਕਾਬੂ ਆ ਚੁੱਕੇ ਹਨ। ਜਿੱਥੇ ਕਿਤੇ ਨਸ਼ਾ ਤਸਕਰਾਂ ਨਾਲ ਪੁਲਿਸ ਦੀਆਂ ਕਾਲੀਆਂ ਭੇਡਾਂ ਦੀ ਘਿਓ - ਖਿਚੜੀ ਹੋਣ ਦੀ ਕਨਸੋਅ ਮਿਲ ਰਹੀ ਹੈ, ਪੁਲੀਸ ਦੀਆਂ ਉਨ੍ਹਾਂ ਕਾਲੀਆਂ ਭੇਡਾਂ ਨੂੰ ਵੀ ਨਸ਼ਾ ਤਸਕਰਾਂ ਦੀ ਤਰਜ ਤੇ ਗ੍ਰਿਫਤਾਰ ਕੀਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦਾ ਪ੍ਰਥਮ ਪ੍ਰਮੁੱਖ ਏਜੰਡਾ ਪੰਜਾਬ 'ਚ ਭਾਈਚਾਰਕ ਸਾਂਝ ਤੇ ਅਮਨ ਕਾਨੂੰਨ ਦੀ ਮਜ਼ਬੂਤ ਸਥਿਤੀ ਨੂੰ ਹੋਰ ਮਜਬੂਤ ਕਰਕੇ ਖੁਸ਼ਹਾਲੀ ਪੂਰਵਕ ਰੰਗਲੇ ਪੰਜਾਬ ਦੀ ਸਿਰਜਣਾ ਕਰਨਾ ਹੈ। ਇਸ ਮੌਕੇ 'ਤੇ ਖੁਸ਼ਪਾਲ ਸਿੰਘ ਧਾਲੀਵਾਲ, ਐਸਡੀਐਮ ਅਜਨਾਲਾ ਰਵਿੰਦਰ ਸਿੰਘ, ਡੀਐਸਪੀਅਜਨਾਲਾ ਗੁਰਵਿੰਦਰ ਸਿੰਘ ਔਲਖ, ਐਸਐਚਓ ਮੁਖਤਾਰ ਸਿੰਘ ਸਮੇਤ ਪੁਲੀਸ ਤੇ ਪ੍ਰਸ਼ਾਸ਼ਨਿਕ ਅਧਿਕਾਰੀ, ਸੈਲਫ ਡਿਫੈਂਸ ਕਮੇਟੀਆਂ ਦੇ ਆਹੁਦੇਦਾਰ, ਪੰਚ ਸਰਪੰਚ ਤੇ ਹੋਰ ਆਹੁਦੇਦਾਰ ਵੱਡੀ ਗਿਣਤੀ 'ਚ ਹਾਜ਼ਰ ਸਨ।

## ਕੌਮੀ ਲੋਕ ਅਦਾਲਤ 'ਚ ਭਾਰੀ ਮਾਤਰਾ 'ਚ ਹੋਏ ਕੇਸਾਂ ਦੇ ਨਿਪਟਾਰੇ



ਲੁਧਿਆਣਾ, 24 ਮਈ (ਵਿਸ਼ਾਲ ਸ਼ਰਮਾ) : ਮਾਨਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਦੀਆਂ ਹਦਾਇਤਾਂ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੈਡਮ ਹਰਪ੍ਰੀਤ ਕੌਰ ਰੰਧਾਵਾ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਜੀ ਦੀ ਪ੍ਰਧਾਨਗੀ ਅਤੇ ਸ੍ਰੀਮਤੀ ਸੁਮਿਤ ਸੱਭਰਵਾਲ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਜੀ ਦੀ ਦੇਖ-ਰੇਖ ਹੇਠ ਅੱਜ ਮਿਤੀ 24.05.2025 ਨੂੰ ਜ਼ਿਲ੍ਹਾ ਕਚਹਿਰੀਆਂ ਲੁਧਿਆਣਾ ਅਤੇ ਉਪ ਮੰਡਲ ਪੱਧਰ ਤੇ ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੈਡਮ ਹਰਪ੍ਰੀਤ ਕੌਰ ਰੰਧਾਵਾ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ ਚੇਅਰਪਰਸਨ ਨੇ ਕੋਰਟਾਂ ਦਾ ਦੌਰਾ ਕੀਤਾ, ਜਿਸ ਦੌਰਾਨ ਰਮਨ ਕੁਮਾਰ ਪ੍ਰਿੰਸੀਪਲ ਜੱਜ ਫੈਮਿਲੀ ਕੋਰਟ ਵਿੱਚ ਪੈਂਡਿੰਗ ਤਲਾਕ ਦੇ ਕੇਸਾਂ ਦਾ ਨਿਪਟਾਰਾ ਕਰਾਉਂਦੇ ਹੋਏ ਦੋਨਾਂ ਧਿਰਾਂ (ਪਤੀ ਅਤੇ ਪਤਨੀ) ਦੀ ਆਪਸੀ ਰਾਜ਼ੀਨਾਮਾ ਕਰਵਾ ਕੇ ਉਨ੍ਹਾਂ ਦਾ ਮੁੜ ਘਰ ਵਸਾਇਆ।

ਅੱਜ ਨੈਸ਼ਨਲ ਲੋਕ ਅਦਾਲਤ ਵਿੱਚ ਸ਼ਿਰਕਤ ਕਰਦੇ ਹੋਏ ਮੌਜੂਦਾ ਸੈਸ਼ਨ ਜੱਜ ਸਾਹਿਬ ਮੈਡਮ ਹਰਪ੍ਰੀਤ ਕੌਰ ਰੰਧਾਵਾ ਜੀਆਂ ਦੇ ਯਤਨਾਂ ਸਦਕਾ ਉਨ੍ਹਾਂ ਦਾ ਮੁੜ ਵਸੇਬਾ ਕਰਵਾਇਆ। ਇਸ ਕੇਸ ਤੋਂ ਬਿਨਾਂ ਇੱਕ ਦਰਖਾਸਤ ਦਵਿੰਦਰ ਕੁਮਾਰ ਵੱਲੋਂ ਮਾਨਯੋਗ ਸੀ.ਜੇ.ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਨੂੰ ਦਿੱਤੀ ਗਈ ਸੀ ਅਤੇ ਉਨ੍ਹਾਂ ਵੱਲੋਂ ਇਹ ਦਰਖਾਸਤ ਪਰਮਾਨੈਂਟ ਲੋਕ ਅਦਾਲਤ ਦੇ ਚੇਅਰਮੈਨ ਸ੍ਰੀ ਬਲਵਿੰਦਰ ਸਿੰਘ ਸੰਧੂ ਨੂੰ ਅਗਲੇਰੀ ਕਾਰਵਾਈ ਹਿੱਤ ਮਾਰਕ ਕਰ ਦਿੱਤੀ ਗਈ ਸੀ, ਜੋ ਕਿ ਗ੍ਰੈਚੂਇਟੀ ਘੱਟ ਮਿਲਣ ਦੀ ਦਰਖਾਸਤ ਸੀ ਤੇ ਉਸ ਦਰਖਾਸਤ ਤੇ ਸੁਣਵਾਈ ਕਰਦੇ ਹੋਏ ਪਰਮਾਨੈਂਟ ਲੋਕ ਅਦਾਲਤ ਵੱਲੋਂ ਐਜੂਕੇਸ਼ਨ ਡਿਪਾਰਟਮੈਂਟ ਮੁਹਾਲੀ ਨੂੰ ਸੱਦਿਆ ਗਿਆ ਸੀ ਅਤੇ ਉਨ੍ਹਾਂ ਨੇ ਬਕਾਇਆ ਰਕਮ 1,75,823/- ਰੁਪਏ ਦੇਣਾ ਮੰਨ ਗਏ ਸੀ।

## ਡੀ.ਸੀ.ਪੀ. ਭੰਡਾਲ ਵੱਲੋਂ ਕੇਂਦਰੀ ਜੇਲ੍ਹ ਲੁਧਿਆਣਾ ਦੀ ਅਚਨਚੇਤ ਚੈਕਿੰਗ




ਲੁਧਿਆਣਾ, 24 ਮਈ (ਵਿਸ਼ਾਲ ਸ਼ਰਮਾ) : ਪੰਜਾਬ ਸਰਕਾਰ ਅਤੇ ਉੱਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ 'ਤੇ ਡੀ ਸੀ ਪੀ ਲਾਅ ਐਂਡ ਆਰਡਰ ਅਤੇ ਟਰੈਫਿਕ ਪ੍ਰਮਿੰਦਰ ਸਿੰਘ ਭੰਡਾਲ ਵੱਲੋਂ 400 ਦੇ ਕਰੀਬ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਦਲ ਨਾਲ ਕੇਂਦਰੀ ਜੇਲ੍ਹ ਤਾਜਪੁਰ ਰੋਡ ਲੁਧਿਆਣਾ ਵਿਖੇ 5 ਘੰਟੇ ਤੋਂ ਵੀ ਵੱਧ ਸਮਾਂ ਬਹੁਤ ਬਰੀਕੀ ਨਾਲ ਚੈਕਿੰਗ ਕੀਤੀ ਗਈ। ਇਸ ਸਮੇਂ ਉਨ੍ਹਾਂ ਨਾਲ ਕੇਂਦਰੀ ਜੇਲ੍ਹ ਸੁਪਰਡੈਂਟ ਸ਼ਿਵਰਾਜ ਸਿੰਘ ਵੀ ਹਾਜ਼ਰ ਸਨ। ਭੰਡਾਲ ਨੇ ਦੱਸਿਆ ਕਿ ਜੇਲ੍ਹ ਅੰਦਰ ਕਾਨੂੰਨ ਵਿਵਸਥਾ ਬਣਾਈ ਰੱਖਣ ਨਸ਼ਿਆਂ 'ਤੇ ਰੋਕ ਲਗਾਉਣ ਅਤੇ ਹੋਰ ਕਈ ਪੱਖਾਂ ਨੂੰ ਸਾਹਮਣੇ ਰੱਖ ਕੇ ਚੈਕਿੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਪੂਰੀ ਤਰ੍ਹਾਂ ਗੁਪਤ ਅਤੇ ਅਚਨਚੇਤ ਸੀ ਤਾਂ ਕਿ ਮਾੜੇ ਅਨਸਰਾਂ ਨੂੰ ਬਚਣ ਦਾ ਕੋਈ ਮੌਕਾ ਨਾ ਮਿਲ ਸਕੇ। ਉਨ੍ਹਾਂ ਦੱਸਿਆ ਕਿ ਚੈਕਿੰਗ ਦੌਰਾਨ ਪੁਰਸ਼ ਅਤੇ ਔਰਤ ਬੈਰਕਾਂ ਦੀ ਲੇਡੀਜ਼ ਫੋਰਸ ਵੱਲੋਂ ਕੀਤੀ ਗਈ ਹੈ। ਭੰਡਾਲ ਨੇ ਦੱਸਿਆ ਕਿ ਚੈਕਿੰਗ ਦੌਰਾਨ ਭਾਵੇਂ ਕੋਈ ਗੈਰ ਕਾਨੂੰਨੀ ਵਸਤੂ ਜਾਂ ਨਸ਼ੀਲਾ ਪਦਾਰਥ ਬਰਾਮਦ ਨਹੀਂ ਹੋਇਆ ਹੈ, ਪਰ ਇਸ ਤਰ੍ਹਾਂ ਦੀ ਅਚਨਚੇਤ ਚੈਕਿੰਗ ਦਾ ਅਪਰਾਧੀ ਬਿਰਤੀ ਦੇ ਵਿਅਕਤੀਆਂ ਦੇ ਅੰਦਰ ਡਰ ਦੀ ਭਾਵਨਾ ਪੈਦਾ ਹੁੰਦੀ ਹੈ ਅਤੇ ਉਹ ਅਪਰਾਧ ਕਰਨ ਤੋਂ ਗੁਰੇਜ਼ ਕਰਦੇ ਹਨ।

## ਸਾਂਸਦ ਅਰੋੜਾ ਨੇ ਪਾਰਟੀ ਧਾਮ ਦੇ ਦੌਰੇ ਦੌਰਾਨ ਸੇਵਾ ਟ੍ਰਸਟ ਨੂੰ 5 ਲੱਖ ਦੀ ਵਿੱਤੀ ਸਹਾਇਤਾ ਦਿੱਤੀ



ਲੁਧਿਆਣਾ, 24 ਮਈ (ਵਿਸ਼ਾਲ ਸ਼ਰਮਾ) : ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੇ ਲੁਧਿਆਨਾ ਕੇ ਹੰਬੜਾ ਰੋਡ 'ਤੇ ਭਗਵਾਨ ਮਹਾਂਵੀਰ ਸੇਵਾ ਟਰੱਸਟ ਦੁਆਰਾ ਨਿਰਦੇਸ਼ਕ ਪਾਰਟੀ ਧਾਮ ਅਤੇ ਪਾਰਟੀ ਹਸਪਤਾਲ ਦਾ ਵਿਸ਼ੇਸ਼ ਦੌਰਾ ਕੀਤਾ। ਟਰੱਸਟ ਦੇ ਸੰਸਦ ਨੇ ਅਰੋੜਾ ਦਾ ਗਰਮਜੋਸ਼ੀ ਦਾ ਸਵਾਗਤ ਕੀਤਾ। ਆਪਣੇ ਅਨੁਭਵ ਬਾਰੇ ਦੱਸਦੇ ਹੋਏ ਅਰੋੜੇ ਨੇ ਕਿਹਾ ਇਹ ਪਲ ਮਨ ਨੂੰ ਝਟਕਾ ਦੇਣ ਵਾਲਾ ਹੈ। ਥੋੜ੍ਹੀ ਸੇਵਾ ਤੋਂ ਬਹੁਤ ਸ਼ਾਂਤੀ ਮਿਲਦੀ ਹੈ। ਜੇਕਰ ਤੁਹਾਨੂੰ ਮੌਕਾ ਮਿਲਿਆ ਤਾਂ ਸਭ ਨੂੰ ਦੁੱਖ ਦੀ ਥਾਂ 'ਤੇ ਜਾਕਰ ਕੁਦਰਤ ਦੀ ਸੇਵਾ ਕਰਨੀ ਚਾਹੀਦੀ ਹੈ। ਉਹ ਅੱਗੇ ਕਹਿੰਦੇ ਹਨ ਕਿ ਅੱਜ ਦੀ ਭਾਗਦੌੜ ਭਰੀ ਦੁਨੀਆਂ ਵਿੱਚ ਲੋਕ ਅਕਸਰ ਕੁਦਰਤ ਦੇ ਨਾਲ-ਨਾਲ ਅਸਤਿਤਵ ਦੇ ਮਹੱਤਵ ਨੂੰ ਨਜ਼ਰਅੰਦਾਜ਼ ਕਰਦੇ ਹਨ। ਉਹ ਇਸ ਗੱਲ 'ਤੇ ਜ਼ੋਰ ਦਿੰਦਾ ਹੈ ਕਿ ਪੱਖੀਆਂ ਅਤੇ ਵਾਤਾਵਰਣ ਦੇ ਪ੍ਰਤੀ ਦਇਆਲਤਾ ਦਾ ਇੱਕ ਛੋਟਾ ਜਿਹਾ ਕਾਰਜ ਵੀ ਅਸੀਮ ਅੰਦਰੂਨੀ ਸੰਤੁਸ਼ਟੀ ਅਤੇ ਭਾਵਨਾਤਮਕ ਭਲਾਈ ਨੂੰ ਲੈ ਸਕਦਾ ਹੈ। ਅਰੋੜਾ ਨੇ ਪੱਖੀ ਧਾਮ ਦੀ ਨਿਪੁੰਨਤਾ ਦੱਸਦੀ ਹੈ ਕਿ ਇਹ ਕੇਵਲ ਨਾ ਸਿਰਫ਼ ਪੱਖੀਆਂ ਲਈ ਅਸਲ ਮਾਨਸਿਕ ਸ਼ਾਂਤੀ ਚਾਹੁੰਦੇ ਹਨ ਲੋਕ ਵੀ ਕ੍ਰਿਪਾ ਕਰਨ ਅਤੇ ਇਲਾਜ ਦਾ ਇੱਕ ਸਥਾਨ ਹੈ। ਉਨ੍ਹਾਂ ਨੇ ਕਿਹਾ ਕਿ ਟਰੱਸਟ ਨੇ ਵੰਨੀਜੀਵਾਂ ਅਤੇ ਮਾਨਵਤਾਵਾਂ ਨੂੰ ਪੋਸ਼ਿਤ ਕਰਨ ਲਈ ਇੱਕ ਸਥਾਨ ਬਣਾਇਆ ਹੈ, ਜਦਕਿ ਨਾਗਰਿਕਾਂ ਵਿਸ਼ੇਸ਼ਕਰ ਨੌਜਵਾਨਾਂ ਦੇ ਸਾਰੇ ਜੀਵਨ ਦੇ ਪ੍ਰਤੀ ਸਹਿਨੁਭੂਤੀ ਨੂੰ ਵਿਕਸਿਤ ਕਰਨ ਲਈ ਇਸ ਤਰ੍ਹਾਂ ਦੇ ਵਾਤਾਵਰਣ ਨੂੰ ਉਤਸ਼ਾਹਿਤ ਕੀਤਾ ਗਿਆ ਹੈ।

## ਜ਼ਹਿਰੀਲੀ ਸ਼ਰਾਬ ਪੀਣ ਨਾਲ ਹੋਈਆਂ ਮੌਤਾਂ ਦੇ ਵਾਰਿਸਾਂ ਨੂੰ ਇੱਕ-ਇੱਕ ਲੱਖ ਦੇ ਚੈਕ ਦਿੱਤੇ



ਲੁਧਿਆਣਾ, 24 ਮਈ (ਰਵਿੰਦਰ ਸਿੰਘ ਨਿੱਝਰ) : ਕੁਝ ਦਿਨ ਪਹਿਲਾਂ ਲੁਧਿਆਣਾ ਦੇ ਨੂਰਵਾਲਾ ਰੋਡ ਸਥਿਤ ਸੰਨਿਆਸ ਨਗਰ ਇਲਾਕੇ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਤਿੰਨ ਲੋਕਾਂ ਦੀ ਮੌਤ ਹੋ ਗਈ ਸੀ। ਜਦੋਂ ਭਾਜਪਾ ਦੇ ਸੂਬਾ ਖਜਾਨਚੀ ਗੁਰਦੇਵ ਸਰਮਾ ਦੇਵੀ ਨੂੰ ਇਸ ਖਬਰ ਦਾ ਪਤਾ ਲੱਗਾ, ਤਾਂ ਉਨ੍ਹਾਂ ਨੇ ਸੰਨਿਆਸ ਨਗਰ ਦਾ ਦੌਰਾ ਕੀਤਾ ਅਤੇ ਤਿੰਨ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਸਹਾਇਤਾ ਵਜੋਂ 1-1 ਲੱਖ ਰੁਪਏ ਦੇ ਚੈਕ ਭੇਟ ਕੀਤੇ। ਗੁਰਦੇਵ ਸ਼ਰਮਾ ਦੇਵੀ, ਭਾਜਪਾ ਦੇ ਸੂਬਾਈ ਉਪ ਪ੍ਰਧਾਨ ਜਤਿੰਦਰ ਮਿੱਤਲ ਅਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੇ ਨਾਲ, ਮ੍ਰਿਤਕਾਂ ਦੇ ਪਰਿਵਾਰਾਂ ਨਾਲ ਮਿਲੇ ਅਤੇ ਪਰਿਵਾਰਾਂ ਨੂੰ 1-1 ਲੱਖ ਰੁਪਏ ਦਾ ਚੈੱਕ ਸੌਂਪਿਆ। ਦੇਬੀ ਨੇ ਕਿਹਾ ਕਿ ਇਹ ਜ਼ਹਿਰੀਲੀ ਸ਼ਰਾਬ ਨਾਲ ਮੌਤ ਨਹੀਂ ਹੋਇਆ, ਸਗੋਂ ਕਤਲ ਹੋਏ ਹਨ। ਜ਼ਹਿਰੀਲੀ ਸ਼ਰਾਬ ਪੀ ਕੇ ਲੋਕਾਂ ਦੇ ਘਰਾਂ ਵਿੱਚ ਸੋਗ ਦਾ ਮਾਹੌਲ ਪੈਦਾ ਕਰਨ ਵਾਲੇ ਇਨ੍ਹਾਂ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖਤ ਤੋਂ ਸਖਤ ਸਜਾ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਉਹ ਮ੍ਰਿਤਕਾਂ ਦੀਆਂ ਆਤਮਾਵਾਂ ਦੀ ਸਾਂਤੀ ਲਈ ਪਰਮਾਤਮਾ ਅੱਗੇ ਅਰਦਾਸ ਕਰਦੇ ਹਨ ਅਤੇ ਭਾਜਪਾ ਪੀੜਤ ਪਰਿਵਾਰਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਇਹ ਵੀ ਮੰਗ ਕੀਤੀ ਹੈ ਕਿ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਘੱਟੋ ਘਟ 10 ਲੱਖ ਰੁਪਏ ਮੁਆਵਜਾ ਦਿੱਤਾ ਜਾਵੇ।

## ਸੌਂਦ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਹਾੜੇ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ



ਲੁਧਿਆਣਾ, 24 ਮਈ (ਵਿਸ਼ਾਲ ਸ਼ਰਮਾ/ਅਰਵਿੰਦਰ ਸਿੰਘ ਸਵੈਚ): ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ, ਉਦਯੋਗ ਤੇ ਕਾਮਰਸ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਏ.ਐਸ.ਮਾਡਰਨ ਸਕੂਲ (ਪ੍ਰਾਇਮਰੀ ਵਿੰਗ) ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ ਜਨਮ ਦਿਹਾੜੇ 'ਤੇ ਕਰਵਾਏ ਗਏ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਨੂੰ ਉਨ੍ਹਾਂ ਦੇ ਜਨਮ ਦਿਹਾੜੇ ਮੌਕੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਭਾਰਤ ਦੇ ਸਭ ਤੋਂ ਨੌਜਵਾਨ ਕ੍ਰਾਂਤੀਕਾਰੀ ਸਨ ਜਿਨ੍ਹਾਂ ਨੇ ਮਹਿਜ਼ 19 ਸਾਲ ਦੀ ਉਮਰ ਵਿੱਚ ਦੇਸ਼ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ। ਉਨ੍ਹਾਂ ਅੱਗੇ ਕਿਹਾ ਕਿ ਇੰਨੀ ਛੋਟੀ ਉਮਰ ਵਿੱਚ ਸ਼ਹੀਦ ਹੋਣ ਵਾਲੇ ਕਰਤਾਰ ਸਿੰਘ ਸਰਾਭਾ ਆਪਣੇ ਦੇਸ਼ ਲਈ ਨਿਰਸਵਾਰਥ ਸੇਵਾ ਨਿਭਾਉਣ ਵਾਸਤੇ ਨੌਜਵਾਨ ਪੀੜ੍ਹੀਆਂ ਲਈ ਸਦੀਆਂ ਤੋਂ ਪ੍ਰੇਰਨਾ ਦਾ ਸਰੋਤ ਬਣੇ ਹੋਏ ਹਨ। ਸੌਂਦ ਨੇ ਕਿਹਾ ਕਿ ਮਹਾਨ ਸ਼ਹੀਦ ਨੇ ਦੇਸ਼ ਨੂੰ ਵਿਦੇਸ਼ੀ ਸਾਮਰਾਜਵਾਦ ਦੇ ਚੁੰਗਲ ਤੋਂ ਮੁਕਤ ਕਰਵਾਉਣ ਲਈ ਅਹਿਮ ਭੂਮਿਕਾ ਨਿਭਾਈ। ਉਹਨਾਂ ਕਿਹਾ ਕਿ ਗਦਰ ਪਾਰਟੀ ਦੇ ਸਰਗਰਮ ਆਗੂ ਵਜੋਂ ਉਨ੍ਹਾਂ ਨੇ ਪਹਿਲਾਂ ਵਿਦੇਸ਼ ਅਤੇ ਫਿਰ ਦੇਸ਼ ਦੇ ਅੰਦਰ ਆਜ਼ਾਦੀ ਪ੍ਰਾਪਤ ਕਰਨ ਲਈ ਅਣਥੱਕ ਮਿਹਨਤ ਕੀਤੀ। ਕੈਬਨਿਟ ਮੰਤਰੀ ਨੇ ਨੌਜਵਾਨਾਂ ਨੂੰ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰਾਖੀ ਲਈ ਸਾਡੇ ਮਹਾਨ ਨਾਇਕਾਂ ਦੁਆਰਾ ਦਿੱਤੀ ਮਹਾਨ ਕੁਰਬਾਨੀ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ। ਪੰਜਾਬ ਦੇ ਲੱਗਭੱਗ ਹਰ ਪਿੰਡ ਵਿਚ ਕਿਸੇ ਨਾ ਕਿਸੇ ਸ਼ਹੀਦ ਦੀ ਯਾਦਗਾਰ ਇਸ ਗੱਲ ਦੀ ਪ੍ਰਤੱਖ ਗਵਾਹ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਨਾ ਸਿਰਫ ਪੰਜਾਬ ਤੋਂ ਸਗੋਂ ਵੱਖ-ਵੱਖ ਸੂਬਿਆਂ ਜਿਵੇਂ ਕਿ ਮਹਾਰਾਸ਼ਟਰ, ਮੱਧ ਪ੍ਰਦੇਸ਼, ਹਰਿਆਣਾ ਅਤੇ ਉੱਤਰ ਪ੍ਰਦੇਸ਼ ਤੋਂ ਸੁਤੰਤਰਤਾ ਸੰਗਰਾਮੀਆ ਦੇ ਪਰਿਵਾਰ ਵੀ ਸ਼ਾਮਲ ਹੋਏ।

## ਆਬਕਾਰੀ ਵਿਭਾਗ ਨੇ ਛਾਪੇਮਾਰੀ ਦੌਰਾਨ ਭਾਰੀ ਮਾਤਰਾ 'ਚ ਨਾਜਾਇਜ਼ ਸ਼ਰਾਬ ਜ਼ਬਤ ਕੀਤੀ



ਲੁਧਿਆਣਾ, 24 ਮਈ (ਵਿਸ਼ਾਲ ਸ਼ਰਮਾ) : ਪੰਜਾਬ ਸਰਕਾਰ ਵੱਲੋਂ ਦਿੱਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼ਰਾਬ ਦੇ ਵਪਾਰ ਵਿੱਚ ਸ਼ਾਮਲ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਚਲਾਈ ਗਈ ਮੁਹਿੰਮ ਨੂੰ ਜਾਰੀ ਰੱਖਦੇ ਹੋਏ ਆਬਕਾਰੀ ਵਿਭਾਗ ਨੇ ਛਾਪੇਮਾਰੀ ਕੀਤੀ, ਜਿਸ ਵਿੱਚ ਭਾਰੀ ਮਾਤਰਾ ਵਿੱਚ ਨਾਜਾਇਜ਼ ਸ਼ਰਾਬ ਜ਼ਬਤ ਕੀਤੀ ਗਈ। ਇਹ ਕਾਰਵਾਈ ਸੀਨੀਅਰ ਅਧਿਕਾਰੀਆਂ ਅਸਿਸਟੈਂਟ ਕਮਿਸ਼ਨਰ ਡਾ. ਸ਼ਿਵਾਨੀ ਗੁਪਤਾ ਆਬਕਾਰੀ ਅਧਿਕਾਰੀ ਅਮਿਤ ਗੋਇਲ ਅਤੇ ਅਸ਼ੋਕ ਕੁਮਾਰ ਦੇ ਨਾਲ-ਨਾਲ ਆਬਕਾਰੀ ਇੰਸਪੈਕਟਰ ਨਵਨੀਸ਼ ਐਰੀ, ਨਵਦੀਪ ਸਿੰਘ, ਮੇਜਰ ਸਿੰਘ ਅਤੇ ਆਦਰਸ਼ ਦੀ ਸਰਗਰਮ ਸ਼ਮੂਲੀਅਤ ਨਾਲ ਕੀਤੀ ਗਈ। ਇਹ ਉਲੰਘਣਾਵਾਂ ਆਬਕਾਰੀ ਵਿਭਾਗ ਦੇ ਰੈਗੂਲੇਟਰੀ ਢਾਂਚੇ ਦੀ ਇੱਕ ਗੰਭੀਰ ਉਲੰਘਣਾ ਨੂੰ ਦਰਸਾਉਂਦੀਆਂ ਹਨ ਜੋ ਉਤਪਾਦ ਟਰੇਸੇਬਿਲਟੀ ਨੂੰ ਯਕੀਨੀ ਬਣਾਉਣ ਜਨਤਕ ਸਿਹਤ ਦੀ ਰੱਖਿਆ ਕਰਨ ਅਤੇ ਕਿਸੇ ਵੀ ਗਲਤ ਗਤੀਵਿਧੀ ਦੇ ਪ੍ਰਸਾਰ ਨੂੰ ਖਤਮ ਕਰਨ ਲਈ ਸਥਾਪਿਤ ਕੀਤਾ ਗਿਆ ਸੀ।

ਇਸ ਤੋਂ ਇਲਾਵਾ 31 ਕੇਸ ਬਿਨਾਂ ਟਰੇਸ ਦੇ ਹਨ ਜਿਨ੍ਹਾਂ ਵਿੱਚ 9 ਕੇਸ ਡਾਲਰ XXX RUM PML 65 ਡਿਗਰੀ ਅਤੇ IMFL ਰਾਇਲ ਸਟੈਗ ਦੇ 22 ਕੇਸ ਸ਼ਾਮਲ ਹਨ ਜੋ ਸਿਰਫ਼ ਪੰਜਾਬ ਵਿੱਚ ਵਿਕਰੀ ਲਈ ਹਨ। ਪਟਿਆਲਾ ਜੋਨ ਦੇ ਡਿਪਟੀ ਕਮਿਸ਼ਨਰ ਆਬਕਾਰੀ ਤਰਸੇਮ ਚੰਦ ਪੀ.ਸੀ.ਐਸ ਨੇ ਕਿਹਾ ਪਟਿਆਲਾ ਜ਼ੋਨ ਆਬਕਾਰੀ ਵਿਭਾਗ ਕਾਨੂੰਨ ਨੂੰ ਕਾਇਮ ਰੱਖਣ ਅਤੇ ਬਾਜ਼ਾਰ ਵਿੱਚ ਸਿਰਫ਼ ਕਾਨੂੰਨੀ ਤੌਰ 'ਤੇ ਪਾਲਣਾ ਕਰਨ ਵਾਲੀ ਸ਼ਰਾਬ ਦੀ ਵਿਕਰੀ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

## ਡਿਪਟੀ ਕਮਿਸ਼ਨਰ ਵੱਲੋਂ ਮੈਜਿਸਟ੍ਰੇਟ ਦੀ ਅਗਵਾਈ ਹੇਠ ਬਣਾਈ ਜਾਂਚ ਕਮੇਟੀ ਨੇ ਜੱਥੇਦਾਰ ਨਿਮਾਣਾ ਤੇ ਭਾਈ ਘਨੱਈਆ ਜੀ ਸੁਸਾਇਟੀ ਨੂੰ ਮੁੜ ਦਿੱਤੀ ਕਲੀਨ ਚਿੱਟ



ਲੁਧਿਆਣਾ, 24 ਮਈ (ਕਰਨੈਲ ਸਿੰਘ ਐੱਮ.ਏ.) : ਜਦੋਂ ਇਨਸਾਨ ਅੰਦਰ ਸੱਚੇ ਦਿਲੋਂ ਮਨੁੱਖਤਾ ਦੀ ਸੇਵਾ ਕਰਨ ਵਾਲਾ ਜਜ਼ਬਾ ਹੋਵੇ, ਸਿਰ 'ਤੇ ਅਕਾਲ ਪੁਰਖ ਦਾ ਹੱਥ ਹੋਵੇ ਤੇ ਸੰਗਤਾਂ ਦੀ ਪਿਆਰ ਭਰੀ ਆਸੀਸ ਹੋਵੇ ਤਾਂ ਸੱਚ ਨੂੰ ਕਦੇ ਹਰਾਇਆ ਨਹੀਂ ਜਾ ਸਕਦਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਅੱਜ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ ਹੋਇਆਂ ਕੀਤਾ। ਉਨ੍ਹਾਂ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਮੇਰੇ ਨਾਲ ਨਿੱਜੀ ਰੰਜਿਸ਼ ਤੇ ਈਰਖਾ ਰੱਖਣ ਵਾਲੇ ਕੁਝ ਸ਼ਰਾਰਤੀ ਵਿਅਕਤੀਆਂ ਵੱਲੋਂ ਮੇਰੇ 'ਤੇ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਉੱਪਰ ਬੇਬੁਨਿਆਦ ਤੇ ਝੂਠੇ ਦੋਸ਼ ਲਗਾਉਂਦਿਆਂ ਹੋਇਆਂ ਸਾਡੇ ਖਿਲਾਫ਼ ਖੂਨ ਵੇਚਣ ਦੇ ਗਲਤ ਇਲਜ਼ਾਮ ਲਗਾਏ ਸਨ। ਜਿਸ ਦੇ ਸੰਬੰਧ ਵਿੱਚ ਜ਼ਿਲ੍ਹਾ ਪ੍ਰਸ਼ਾਸਨਿਕ ਮੈਜਿਸਟਰੇਟ ਨੇ ਮੁਕੰਮਲ ਜਾਂਚ ਪੜਤਾਲ ਕਰਵਾਈ ਸੀ ਅਤੇ ਲਗਾਏ ਗਏ ਸਾਰੇ ਦੋਸ਼ ਝੂਠੇ ਤੇ ਬੇਬੁਨਿਆਦ ਸਾਬਤ ਹੋਏ ਸਨ। ਜਿਸ ਦੇ ਮੱਦੇਨਜ਼ਰ ਪੜਤਾਲੀਆ ਕਮੇਟੀ ਦੇ ਅਧਿਕਾਰੀਆਂ ਵੱਲੋਂ ਸਾਰੇ ਸਬੂਤਾਂ, ਤੱਥਾਂ ਦੇ ਆਧਾਰ 'ਤੇ ਮੈਨੂੰ ਤੇ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਨੂੰ ਦੋਸ਼ੀ ਨਾ ਪਾਉਂਦਿਆਂ ਹੋਇਆਂ ਪੂਰਨ ਰੂਪ ਵਿੱਚ ਕਲੀਨ ਚਿੱਟ ਦੇ ਦਿੱਤੀ ਸੀ। ਪਰ ਸ਼ਰਾਰਤੀ ਵਿਅਕਤੀਆਂ ਫਿਰ ਵੀ ਨਾਂਹ ਟਲੇ ਅਤੇ ਮੁੜ ਝੂਠ ਦਾ ਸਹਾਰਾ ਲੈਂਦਿਆਂ ਹੋਇਆਂ ਉਕਤ ਮੁੜ ਡਿਪਟੀ ਕਮਿਸ਼ਨਰ ਲੁਧਿਆਣਾ ਨੂੰ ਮੁੜ ਲਿਖਤੀ ਸ਼ਿਕਾਇਤ ਦਰਜ ਕਰਵਾ ਦਿੱਤੀ। ਜਿਸ ਦੇ ਆਧਾਰ ਉੱਪਰ ਕਾਰਵਾਈ ਕਰਦਿਆਂ ਹੋਇਆਂ ਖੂਨ ਵੇਚਣ ਦੇ ਮਾਮਲੇ ਸੰਬੰਧੀ ਡਿਪਟੀ ਕਮਿਸ਼ਨਰ ਵੱਲੋਂ ਪੂਰੇ ਮਾਮਲੇ ਦੀ ਮੁੜ ਉੱਚ ਪੱਧਰੀ ਮੈਜਿਸਟਰੇਟ ਦੀ ਜਾਂਚ ਪੜਤਾਲ ਕਰਨ ਸੰਬੰਧੀ ਆਪਣੇ ਦਫਤਰ ਤੋਂ ਮਿਤੀ 2/1/2025 ਨੂੰ ਪੱਤਰ ਨੂੰ (20/22 ਸੀ. ਈ.ਏ)3/ 2646549 ਜਾਰੀ ਕਰਕੇ ਤਿੰਨ ਮੈਂਬਰੀ ਪੜਤਾਲੀਆ ਕਮੇਟੀ ਦਾ ਗਠਨ ਕਰਨ ਦੇ ਆਦੇਸ਼ ਜਾਰੀ ਕੀਤੇ। ਜਿਸ ਅੰਦਰ ਉਪ ਮੰਡਲ ਮੈਜਿਸਟਰੇਟ (ਪੂਰਬੀ) ਨੂੰ ਬਤੌਰ ਚੇਅਰਮੈਨ, ਐਸ.ਐਮ.ਓ. ਜਗਰਾਉ ਨੂੰ ਮੈਂਬਰ ਤੇ ਸੈਕਟਰੀ ਰੈੱਡਕਰਾਸ ਲੁਧਿਆਣਾ ਨੂੰ ਮੈਂਬਰ ਲਿਆ ਗਿਆ।

## ਸੀਟੀ ਯੂਨੀਵਰਸਿਟੀ ਨੇ ਨਵੇਂ ਕੋਰਸਾਂ ਰਾਹੀਂ ਆਪਣੇ ਦਾਇਰੇ ਦਾ ਕੀਤਾ ਵਿਸਥਾਰ



ਲੁਧਿਆਣਾ, 24 ਮਈ (ਵਿਸ਼ਾਲ ਸ਼ਰਮਾ) : ਸੀਟੀ ਯੂਨੀਵਰਸਿਟੀ ਨੇ ਵਿਦਿਆਰਥੀਆਂ ਨੂੰ ਵਪਾਰਕ ਹੁਨਰ ਅਤੇ ਉਦਯੋਗਿਕ ਤਜਰਬੇ ਨਾਲ ਸਫਲ ਕਰੀਅਰ ਲਈ ਤਿਆਰ ਕਰਨ ਦੇ ਉਦੇਸ਼ ਨਾਲ ਕਈ ਨਵੇਂ ਕੋਰਸ ਸ਼ੁਰੂ ਕੀਤੇ ਹਨ। ਕਾਮਰਸ ਵਿਦਿਆਰਥੀਆਂ ਲਈ ਇੱਕ ਵਿਲੱਖਣ ਕੋਰਸ ਪੇਸ਼ ਕੀਤਾ ਗਿਆ ਹੈ ਜੋ Tally ਅਤੇ IAS ਕੋਚਿੰਗ ਨਾਲ ਇੰਟੀਗ੍ਰੇਟ ਕੀਤਾ ਗਿਆ ਹੈ। ਇਹ ਕੋਰਸ 3 ਸਾਲ ਅਤੇ 4 ਸਾਲ ਦੋਹਾਂ ਰੂਪਾਂ ਵਿੱਚ ਉਪਲਬਧ ਹੈ। ਇਸ ਵਿੱਚ UPSC ਦੀ ਤਿਆਰੀ ਦੇ ਨਾਲ-ਨਾਲ Tally ERP, GST ਅਤੇ ਕੰਪਿਊਟਰਾਈਜ਼ਡ ਅਕਾਊਂਟਿੰਗ ਦੀ ਪ੍ਰੈਕਟੀਕਲ ਟਰੇਨਿੰਗ ਵੀ ਸ਼ਾਮਲ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਸਰਕਾਰੀ ਅਤੇ ਪ੍ਰਾਈਵੇਟ ਸੈਕਟਰ ਦੋਹਾਂ ਵਿੱਚ ਰੋਜ਼ਗਾਰ ਦੇ ਮੌਕੇ ਮਿਲ ਸਕਦੇ ਹਨ। ਨਵੇਂ MSc MLT ਕੋਰਸ ਮਾਈਕਰੋਬਾਇਓਲੋਜੀ, ਹੀਮੈਟੋਲੋਜੀ ਅਤੇ ਬਾਇਓਕੈਮਿਸਟਰੀ ਵਿੱਚ ਵਿਦਿਆਰਥੀਆਂ ਨੂੰ ਡਾਇਗਨੋਸਟਿਕ, ਫਾਰਮਾ ਅਤੇ ਰਿਸਰਚ ਲੈਬਾਂ ਵਿੱਚ ਨੌਕਰੀ ਲਈ ਤਿਆਰ ਕਰਨ ਲਈ ਡੂੰਘੀ ਲੈਬ ਟਰੇਨਿੰਗ ਪ੍ਰਦਾਨ ਕਰਦੇ ਹਨ। MPT ਕੋਰਸ ਹੁਣ ਨਿਊਰੋਲੋਜੀ ਆਰਥੋਪੀਡਿਕਸ ਅਤੇ ਸਪੋਰਟਸ ਵਿੱਚ ਉਪਲਬਧ ਹਨ ਜੋ ਅਡਵਾਂਸ ਰਿਹੈਬ ਤਕਨੀਕਾਂ ਮੈਨੂਅਲ ਥੈਰੇਪੀ ਅਤੇ ਸਪੋਰਟਸ ਇੰਜਰੀ ਕੇਅਰ 'ਤੇ ਕੇਂਦਰਿਤ ਹਨ ਇਹ ਕੋਰਸ ਹਸਪਤਾਲਾਂ ਅਤੇ ਕਲੀਨਿਕਾਂ ਵਿੱਚ ਨੌਕਰੀ ਲਈ ਸੁਝਾਊ ਹਨ। ਨਵਾਂ BBA LL.B ਕੋਰਸ ਵਪਾਰ ਅਤੇ ਕਾਨੂੰਨੀ ਅਧਿਐਨ ਦਾ ਸੰਯੋਗ ਹੈ ਜੋ ਵਿਦਿਆਰਥੀਆਂ ਨੂੰ ਕੌਰਪੋਰੇਟ ਕਾਨੂੰਨ ਕੰਪਲਾਇਅੰਸ ਅਤੇ ਲੀਗਲ ਕਨਸਲਟਿੰਗ ਵਰਗੇ ਖੇਤਰਾਂ ਲਈ ਤਿਆਰ ਕਰਦਾ ਹੈ। ਇਹ ਸਾਰੇ ਕੋਰਸ ਸੀਟੀ ਯੂਨੀਵਰਸਿਟੀ ਦੀ ਨਵੀਨਤਾ ਅਤੇ ਕਰੀਅਰ ਕੇਂਦਰਤ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੇ ਹਨ ਜੋ ਵਿਦਿਆਰਥੀਆਂ ਨੂੰ ਨੌਕਰੀ ਮਾਰਕੀਟ ਵਿੱਚ ਮਜ਼ਬੂਤ ਲਾਭ ਦੇਣ ਵਿੱਚ ਸਹਾਇਤਾ ਕਰਦੇ ਹਨ।

## ਆਲ ਇੰਡੀਆ ਪ੍ਰੋਫੈਸ਼ਨਲ ਕਾਂਗਰਸ ਵੱਲੋਂ ਆਸ਼ੂ ਨੂੰ ਸ਼ਾਨ ਨਾਲ ਜਿਤਾਉਣ ਦਾ ਭਰੋਸਾ



ਲੁਧਿਆਣਾ, 24 ਮਈ (ਰਵਿੰਦਰ ਸਿੰਘ ਨਿੱਝਰ) : ਆਲ ਇੰਡੀਆ ਪ੍ਰੋਫੈਸਨਲ ਕਾਂਗਰਸ ਵਿੱਚ ਸ਼ਾਮਿਲ ਵੱਖ-ਵੱਖ ਕਿੱਤਿਆਂ ਨਾਲ ਜੁੜੇ ਪ੍ਰੋਫੈਸਨਲ ਜਿਵੇਂ ਵਕੀਲ ,ਡਾਕਟਰ ,ਆਰਕੀਟੈਕਟ ,ਬਿਲਡਰ ,ਪ੍ਰਾਪਰਟੀ ਡੀਲਰ ,ਉਦਯੋਗਿਕ ਹੁਨਰਮੰਦ ਆਦਿ ਨੇ ਨੇੜ ਭਵਿੱਖ ਵਿੱਚ ਹੋਣ ਜਾ ਰਹੀ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਦੀ ਉੱਪ ਚੋਣ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਸਾਬਕਾ ਮੰਤਰੀ ਅਤੇ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਸ੍ਰੀ ਭਾਰਤ ਭੂਸਣ ਆਸੂ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਇਹ ਮੀਟਿੰਗ ਸੂਬਾ ਪ੍ਰਧਾਨ ਸ੍ਰੀ ਸਿਧਾਰਥ ਮਾਨੀ ਦੀ ਅਗਵਾਈ ਵਿੱਚ ਕਰਵਾਈ ਗਈ। ਇਸ ਮੌਕੇ ਨੈਸ਼ਨਲ ਹੈੱਡ ਸਮਿਤ ਸਿੰਘ ਨੇ ਕਿਹਾ ਕਿ ਕਾਂਗਰਸ ਪਾਰਟੀ ਹਰੇਕ ਵਰਗ ਦਾ ਧਿਆਨ ਰੱਖਦੀ ਹੈ। ਸ੍ਰੀ ਰਾਹੁਲ ਗਾਂਧੀ ਜੋ ਵੀ ਪ੍ਰੋਗਰਾਮ ਉਲੀਕਦੇ ਹਨ ਉਸ ਦੀ ਨਕਲ ਕਰਦੇ ਹੋਏ ਕਈ ਸਾਲ ਬਾਅਦ ਦੂਸਰੀਆਂ ਪਾਰਟੀਆਂ ਉਸ ਨੂੰ ਅਪਣਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਹੁਣ ਇੰਡੀਅਨ ਨੈਸਨਲ ਕਾਂਗਰਸ ਪਾਰਟੀ ਵਲੋਂ ਡਾ. ਮਨਮੋਹਨ ਸਿੰਘ ਦੇ ਨਾਂ ਤੇ ਪ੍ਰੋਗਰਾਮ ਦੀ ਸੁਰੂਆਤ ਕੀਤੀ ਗਈ ਹੈ। ਜਿਸ ਵਿੱਚ ਡਾਕਟਰ ਮਨਮੋਹਨ ਸਿੰਘ ਦੀ ਵਿਰਾਸਤ ਨੂੰ ਮਨਾਉਣ ਅਤੇ ਆਦਰ ਕਰਨ ਲਈ ਬਣਾਏ ਗਏ ਪ੍ਰੋਗਰਾਮ ਨੂੰ ਸ੍ਰੀ ਪ੍ਰਵੀਨ ਚੱਕਰਵਰਤੀ (ਏਆਈਪੀਸੀ ਅਤੇ ਡੇਟਾ ਵਿਸਲੇਸਣ ਦੇ ਚੇਅਰਮੈਨ) ਦੁਆਰਾ ਲਾਂਚ ਕੀਤਾ ਗਿਆ ਹੈ।

## ਜੋਧਾਂ-ਰਤਨ ਬਾਜ਼ਾਰ 'ਚ ਮਨਾਇਆ ਸ਼ਹੀਦ ਸਰਾਭਾ ਦਾ ਜਨਮ ਦਿਵਸ



ਜੋਧਾਂ, 24 ਮਈ (ਅਮਰਜੀਤ ਸਿੰਘ ਸੰਧੂ/ਮਨਜੀਤ ਸਿੰਘ ਰਿੰਕੂ) : ਅਮਰ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਦਾ ਜਨਮ ਦਿਨ ਸ਼ਹੀਦ ਭਗਤ ਸਿੰਘ ਨੌਜਵਾਨ ਪੰਜਾਬ ਏਰੀਆ ਜੋਧਾਂ ਵੱਲੋਂ ਸ਼ਹੀਦ ਭਗਤ ਸਿੰਘ ਬੁੱਤ ਅਸਥਾਨ ਜੋਧਾਂ-ਰਤਨ ਬਾਜ਼ਾਰ ਵਿਖੇ ਇਨਕਲਾਬੀ ਭਾਵਨਾ ਨਾਲ ਮਨਾਇਆ ਗਿਆ। ਜੱਸ ਜੋਧਾਂ, ਲਖਵਿੰਦਰ ਰਤਨ, ਗੁਰਦੀਪ ਪਮਾਲੀ , ਗੁਰਪ੍ਰੀਤ ਮਨਸੂਰਾਂ , ਹਰਦੀਪ ਮਾਣਕਵਾਲ , ਗੁਰਪ੍ਰੀਤ ਗੁੱਜਰਵਾਲ , ਜਤਿੰਦਰ ਜੋਧਾਂ ਰਤਨ ਬਾਜ਼ਾਰ, ਰਾਜਵਿੰਦਰ ਗਰੇਵਾਲ ਸਹਿਜਾਦ, ਗੁਰਿੰਦਰ ਸਿੰਘ ਧਾਲੀਵਾਲ ਢੈਪਈ ,ਗੋਲੂ ਨਾਰੰਗਵਾਲ ਦੀ ਪ੍ਰਧਾਨਗੀ ਹੇਠ ਹੋਏ ਇਸ ਸਮਾਗਮ ਦੌਰਾਨ ਸ਼ਹੀਦ ਭਗਤ ਸਿੰਘ ਨੌਜਵਾਨ ਪੰਜਾਬ ਦੇ ਸੂਬਾਈ ਆਗੂ ਹਰਨੇਕ ਸਿੰਘ ਗੁੱਜਰਵਾਲ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜੀਵਨੀ ਬਾਰੇ ਚਾਨਣਾ ਪਾਉਂਦਿਆਂ ਨੌਜਵਾਨਾਂ ਨੂੰ ਸ਼ਹੀਦਾਂ ਦੇ ਸੁਪਨਿਆਂ ਦਾ ਸਮਾਜ ਸਿਰਜਣ ਦੀ ਗੱਲ ਤੇ ਜ਼ੋਰ ਦਿੱਤਾ । ਐਨ .ਆਰ .ਆਈ ਡਾ. ਪ੍ਰਦੀਪ ਜੋਧਾਂ , ਜੱਸ ਜੋਧਾਂ , ਲਖਵਿੰਦਰ ਰਤਨ ਨੇ ਇਸ ਮੌਕੇ ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸਰਧਾ ਤੇ ਸਤਿਕਾਰ ਸਹਿਤ ਇਨਕਲਾਬੀ ਮੁਬਾਰਕਾਂ ਭੇਂਟ ਕੀਤੀਆਂ।

ਇਸ ਮੌਕੇ ਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਏਰੀਆ ਜੋਧਾਂ ਕਮੇਟੀ ਦਾ ਗਠਨ ਵੀ ਕੀਤਾ ਗਿਆ। ਇਸ ਕਮੇਟੀ ਨੇ ਸਰਬਸੰਮਤੀ ਨਾਲ ਜਸ ਜੋਧਾਂ ਨੂੰ ਪ੍ਰਧਾਨ, ਲਖਵਿੰਦਰ ਸਿੰਘ ਰਤਨ ਨੂੰ ਸਕੱਤਰ, ਨਵਦੀਪ ਸਿੰਘ ਜੋਧਾਂ ਖਜ਼ਾਨਚੀ ਆਦਿ ਕਮੇਟੀ ਮੈਂਬਰ ਚੁਣੇ ਗਏ।

## ਸ਼ਹੀਦ ਸਰਾਭਾ ਦੇ ਪਿੰਡ ਤੱਕ ਮੋਟਰਸਾਈਕਲ ਮਾਰਚ ਕੱਢਿਆ



ਲੁਧਿਆਣਾ, 24 ਮਈ (ਰਵਿੰਦਰ ਸਿੰਘ ਨਿੱਝਰ) : ਸ਼ਹੀਦ ਕਰਤਾਰ ਸਿੰਘ ਸਰਾਭਾ ਦੇ 129 ਵੇਂ ਜਨਮ ਦਿਹਾੜੇ ਨੂੰ ਸਮਰਪਿਤ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਵੱਲੋਂ ਸੁਨੇਤ ਪਿੰਡ ਵਿੱਚ ਬਣੀ ਗਦਰੀ ਬਾਬਾ ਭਾਨ ਸਿੰਘ ਦੀ ਯਾਦਗਾਰ ਤੋਂ ਮੋਟਰਸਾਈਕਲ ਮਾਰਚ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੱਦੀ ਘਰ ਪਿੰਡ ਸਰਾਭਾ ਤੱਕ ਕੱਢਿਆ ਗਿਆ । ਇਸ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ ਅਤੇ ਆਕਾਸ਼ ਗੁੰਜਾਊ ਨਾਅਰੇ ਲਾਉਂਦੇ ਹੋਏ ਸੁਨੇਤ ਪਿੰਡ ਦੀਆਂ ਗਲੀਆਂ ਵਿੱਚੋਂ ਹੁੰਦੇ ਹੋਏ ਸ਼ਹੀਦ ਸਰਾਭਾ ਮਾਰਗ ਰਾਹੀਂ ਪਿੰਡ ਸਰਾਭਾ ਪੁੱਜੇ। ਮਾਰਚ ਦੀ ਸ਼ੁਰੂਆਤ ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟ੍ਰੱਸਟ ਦੇ ਜਨਰਲ ਸਕੱਤਰ ਜਸਵੰਤ ਜੀਰਖ ਨੇ ਨੌਜਵਾਨਾਂ ਦੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਸ਼ੁਭ ਇੱਛਾਵਾਂ ਦਿੱਤੀਆਂ ਅਤੇ ਝੰਡਾ ਦਿਖਾ ਕੇ ਇਸ ਮਾਰਚ ਨੂੰ ਰਵਾਨਾ ਕੀਤਾ। ਇਸ ਦੌਰਾਨ ਮੋਟਰਸਾਈਕਲ ਮਾਰਚ ਲਈ ਇਕੱਤਰ ਹੋਏ ਨੌਜਵਾਨਾਂ ਨੂੰ ਨੌਜਵਾਨ ਸਭਾ ਦੇ ਪ੍ਰਧਾਨ ਐਡਵੋਕੇਟ ਹਰਪ੍ਰੀਤ ਜੀਰਖ, ਜਨਰਲ ਸਕੱਤਰ ਰਾਕੇਸ ਆਜਾਦ, ਸਹਾਇਕ ਸਕੱਤਰ ਮੀਨੂੰ ਸਰਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਹੀਦ ਕਰਤਾਰ ਸਿੰਘ ਸਰਾਭਾ ਗਦਰ ਪਾਰਟੀ ਦਾ ਸਭ ਤੋਂ ਛੋਟੀ ਉਮਰ ਦਾ ਮੈਂਬਰ ਸੀ, ਪਰ ਉਸ ਨੇ ਦੇਸ ਦੀ ਜੰਗ-ਏ-ਆਜਾਦੀ ਲਈ ਸਿਰਫ 19 ਸਾਲ ਦੀ ਉਮਰ ਵਿੱਚ ਸ਼ਹਾਦਤ ਦਿੱਤੀ।

## ਘੁੰਮਣ ਅਤੇ ਉਨ੍ਹਾਂ ਦੇ ਸਾਥੀਆਂ ਨੇ ਸਰਾਭਾ ਦੇ ਬੁੱਤ 'ਤੇ ਫੁੱਲ ਅਰਪਿਤ ਕੀਤੇ



ਲੁਧਿਆਣਾ, 24 ਮਈ (ਰਵਿੰਦਰ ਸਿੰਘ ਨਿੱਝਰ) : ਵਿਧਾਨ ਸਭਾ ਹਲਕਾ ਪੱਛਮੀ ਤੋਂ ਉੱਪ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਡਵੋਕੇਟ ਪ੍ਰਉਪਕਾਰ ਸਿੰਘ ਘੁੰਮਣ ਨੇ ਅੱਜ ਆਪਣੇ ਸਾਥੀਆਂ ਸਮੇਤ ਗਦਰੀ ਜਨਰਲ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਨ ਮੌਕੇ, ਉਨ੍ਹਾਂ ਨੂੰ ਭਾਈ ਬਾਲਾ ਚੌਂਕ ਸਥਿਤ ਉਨ੍ਹਾਂ ਦੇ ਬੁੱਤ 'ਤੇ ਪੁੱਜਕੇ ਸਰਧਾ ਦੇ ਫੁੱਲ ਭੇਟ ਕੀਤੇ ਗਏ । ਐਡਵੋਕੇਟ ਘੁੰਮਣ ਨੇ ਕਿਹਾ ਕਿ ਸਰਾਭਾ ਦੇ ਛੋਟੀ ਉਮਰੇ ਦੇਸ ਦੀ ਆਜਾਦੀ ਵਿੱਚ ਪਾਏ ਗਏ ਮਹਾਨ ਯੋਗਦਾਨ ਲਈ ਹਮੇਸਾ ਯਾਦ ਰੱਖਿਆ ਜਾਵੇਗਾ ਅਤੇ ਉਹ ਸਾਡੀਆਂ ਪੀੜ੍ਹੀਆਂ ਨੂੰ ਪ੍ਰੇਰਨਾ ਦਿੰਦੇ ਰਹਿਣਗੇ। ਇਸ ਮੌਕੇ ਘੁੰਮਣ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਡੀ ਧਰੋਹਰ ਹਨ ਤੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨਾ ਹੀ ਅਸਲ ਸ਼ਰਧਾਂਜਲੀ ਹੋਵੇਗੀ। ਐਡਵੋਕੇਟ ਘੁੰਮਣ ਨੇ ਆਉਣ ਵਾਲੀਆਂ ਚੋਣਾਂ ਵਿਚ ਲੋਕਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਉਹ ਨਿਰਪੱਖਤਾ, ਇਨਸਾਫ ਅਤੇ ਵਿਕਾਸ ਅਧਾਰਤ ਰਾਜਨੀਤੀ ਨੂੰ ਅੱਗੇ ਲੈ ਜਾਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਕਈ ਸਥਾਨਕ ਆਗੂ ਅਤੇ ਵਰਕਰ ਵੀ ਮੌਜੂਦ ਸਨ।

## ਅਸੀਂ ਲੁਧਿਆਣਾ ਪੱਛਮੀ 'ਚ ਵੱਡੇ ਫ਼ਰਕ ਨਾਲ ਜਿੱਤਾਂਗੇ : ਅਵਿਨਾਸ਼ ਖੰਨਾ

ਲੁਧਿਆਣਾ, 24 ਮਈ (ਰਵਿੰਦਰ ਸਿੰਘ ਨਿੱਝਰ): ਭਾਜਪਾ ਦੇ ਰਾਸਟਰੀ ਉਪ ਪ੍ਰਧਾਨ ਅਤੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ ਰਾਏ ਖੰਨਾ ਨੇ ਲੁਧਿਆਣਾ ਪੱਛਮੀ ਵਿੱਚ ਹੋਣ ਵਾਲੀ ਉਪ ਚੋਣ ਦੇ ਸਬੰਧ ਵਿੱਚ ਭਾਜਪਾ ਕੌਂਸਲਰਾਂ ਅਤੇ ਕੌਂਸਲਰ ਚੋਣਾਂ ਲੜਨ ਵਾਲੇ ਸਾਰੇ ਭਾਜਪਾ ਵਰਕਰਾਂ ਨਾਲ ਇੱਕ ਮੀਟਿੰਗ ਕੀਤੀ, ਜਿਸ ਵਿੱਚ ਉਨ੍ਹਾਂ ਕਿਹਾ ਕਿ ਲੁਧਿਆਣਾ ਪੱਛਮੀ ਉਪ ਚੋਣ ਵਿੱਚ ਅਸੀਂ ਵੱਡੇ ਫਰਕ ਨਾਲ ਜਿੱਤਾਂਗੇ। ਕਿਉਂਕਿ ਪਿਛਲੇ ਸਾਲ ਹੋਈਆਂ ਪਾਰਲੀਮਾਨੀ ਚੋਣਾਂ ਵਿੱਚ ਭਾਜਪਾ ਉਮੀਦਵਾਰ ਨੇ ਇਸ ਹਲਕੇ ਵਿੱਚ ਵੱਡੀ ਲੀਡ ਲਈ ਸੀ। ਭਾਜਪਾ ਆਗੂ ਅਵਿਨਾਸ ਰਾਏ ਖੰਨਾ ਨੇ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਸੱਤ੍ਹਾ ਵਿੱਚ ਆਈ ਹੈ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਬਹੁਤ ਵਿਗੜ ਗਈ ਹੈ। ਡਕੈਤੀ ਅਤੇ ਲੁੱਟ ਦੇ ਬਹੁਤ ਸਾਰੇ ਮਾਮਲੇ ਹਨ। ਅੱਜ ਕੋਈ ਵੀ ਔਰਤ ਸਵੇਰੇ ਜਾਂ ਸ਼ਾਮ ਨੂੰ ਆਪਣੇ ਘਰ ਤੋਂ ਬਾਹਰ ਨਹੀਂ ਨਿਕਲ ਸਕਦੀ, ਕਿਉਂਕਿ ਚੇਨ ਸਨੈਚਿੰਗ ਦੇ ਮਾਮਲੇ ਇੰਨੇ ਵੱਧ ਗਏ ਹਨ ਕਿ ਸਰਕਾਰ ਇਸ ਵੱਲ ਕੋਈ ਧਿਆਨ ਨਹੀਂ ਦੇ ਰਹੀ।

## ਸਨਮਤੀ ਵਿਮਲ ਜੈਨ ਸਕੂਲ ਦੇ ਛੋਟੇ ਬੱਚਿਆਂ ਲਈ ਪੂਲ ਪਾਰਟੀ ਕਰਵਾਈ



ਜਗਰਾਓਂ, 24 ਮਈ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ):ਸ਼ਾਨਾਂਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਜਗਰਾਓਂ ਵਿਖੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਦੀ ਨਿਗਰਾਨੀ ਹੇਠ ਨਰਸਰੀ, ਐਲ.ਕੇਜੀ ਅਤੇ ਯੂ.ਕੇਜੀ ਕਲਾਸਾਂ ਦੇ ਬੱਚਿਆਂ ਲਈ 'ਪੂਲ ਪਾਰਟੀ' ਦਾ ਆਯੋਜਨ ਕੀਤਾ। ਇਸ ਮੌਕੇ ਬੱਚੇ ਰੰਗ-ਬਿਰੰਗੇ ਕੱਪੜੇ ਪਾ ਕੇ ਆਏ। ਛੋਟੇ ਬੱਚਿਆਂ ਨੇ ਸਾਰਿਆਂ ਦਾ ਮਨ ਮੋਹ ਲਿਆ । ਬੱਚਿਆਂ ਨੇ ਪਾਣੀ ਵਿੱਚ ਮਸਤੀ ਕੀਤੀ ਅਤੇ ਸੰਗੀਤ ਦੀ ਧੁਨਾਂ 'ਤੇ ਨੱਚੇ। ਬਾਅਦ ਵਿੱਚ, ਉਨ੍ਹਾਂ ਨੂੰ ਫਲ ਦਿੱਤੇ ਗਏ ਅਤੇ ਉਹ ਬਹੁਤ ਖੁਸ਼ ਸਨ। ਪ੍ਰਿੰਸੀਪਲ ਖੁਰਾਨਾ ਨੇ ਬੱਚਿਆਂ ਨੂੰ ਗਰਮੀਆਂ ਦੇ ਮੌਸਮ ਵਿੱਚ ਗਰਮੀ ਤੋਂ ਬਚਣ ਲਈ ਤਾਜ਼ੇ ਫਲ ਅਤੇ ਹਰੀਆਂ ਸਬਜ਼ੀਆਂ ਖਾਣ, ਜੂਸ ਪੀਣ ਅਤੇ ਜੰਕ ਫੂਡ ਤੋਂ ਬਚਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਰਜਨੀ ਰਿਹਾਨ, ਸ਼ਸ਼ੀ ਸ਼ਰਮਾ, ਨਿਧੀ ਜੈਨ, ਸ਼ੈਲੀ ਗਾਬਾ, ਆਰਤੀ ਪਲਟਾ, ਪਰਮਜੀਤ ਕੌਰ, ਗੁਰਮੀਤ ਕੌਰ, ਨਵਜੀਤ ਧੀਰ, ਆਦਿ ਮੌਜੂਦ ਸਨ।

## ਸਰਾਭਾ ਨਗਰ ਲਈਅਰ ਵੈਲੀ ਮੀਟਿੰਗ 'ਚ ਹੋਏ ਭਾਰੀ ਇਕੱਠ ਨੇ ਆਸ਼ੂ ਦਾ ਹੌਸਲਾ ਵਧਾਇਆ




ਲੁਧਿਆਣਾ, 24 ਮਈ (ਰਵਿੰਦਰ ਸਿੰਘ ਨਿੱਝਰ) : ਸਰਾਭਾ ਨਗਰ ਦੇ ਪਾਸ ਇਲਾਕੇ ਵਿੱਚ ਰੋਜਾਨਾ ਸੈਰ ਕਰਨ ਵਾਲੇ ਪਤਵੰਤੇ ਸੱਜਣਾਂ ਨੇ ਲਈਅਰ ਵੈਲੀ ਵਿੱਚ ਵਿਸਾਲ ਮੀਟਿੰਗ ਦੌਰਾਨ ਭਾਰਤ ਭੂਸਣ ਆਸੂ ਨੂੰ ਵੱਡਾ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਜ਼ਿਕਰਯੋਗ ਹੈ ਕਿ ਲਈਅਰ ਵੈਲੀ ਬਣਾਉਣ ਦਾ ਮਕਸਦ ਲੁਧਿਆਣਾ ਦੇ ਵਾਸੀਆਂ ਲਈ ਸੁੱਧ ਪਰਿਆਵਰਣ ਤੇ ਸਾਫ ਸੁਥਰਾ ਵਾਤਾਵਰਣ ਦਾ ਮਾਹੌਲ ਪ੍ਰਦਾਨ ਕਰਨਾ ਸੀ ਜਿਸ ਵਿੱਚ ਭਾਰਤ ਭੂਸਣ ਆਸੂ ਦਾ ਵੱਡਾ ਸਹਿਯੋਗ ਰਿਹਾ ਹੈ । ਆਸੂ ਦੇ ਯਤਨਾਂ ਸਦਕਾ ਲਈਅਰ ਵੈਲੀ ਨੂੰ ਸੁੰਦਰ ਤੇ ਹੋਰ ਆਕਰਸਕ ਬਣਾਉਣਾ ਤੇ ਸਾਈਕਲ ਟਰੈਕ ਦੀ ਸਥਾਪਨਾ ਕਰਨਾ ਲੁਧਿਆਣਾ ਵਾਸੀਆਂ ਦੀ ਸਿਹਤ ਲਈ ਇੱਕ ਨਾਯਾਬ ਤੋਹਫਾ ਹੈ। ਲਈਅਰ ਵੈਲੀ ਵਿੱਚ ਰੋਜਾਨਾ ਸੈਰ ਕਰਨ ਵਾਲੇ ਪਤਵੰਤੇ ਸੱਜਣਾਂ , ਸਪੋਰਟਸ ਖੇਤਰ ਨਾਲ ਜੁੜੇ ਸਿਹਤ ਪ੍ਰੇਮੀਆਂ ਤੇ ਇਲਾਕੇ ਦੇ ਵਾਤਾਵਰਣ ਪ੍ਰੇਮੀਆਂ ਨੇ ਵੱਡੀ ਗਿਣਤੀ ਵਿੱਚ ਸਾਮਿਲ ਹੋ ਕੇ ਆਸੂ ਨੂੰ ਆਪਣਾ ਸਹਿਯੋਗ ਦੇਣ ਦਾ ਐਲਾਨ ਕੀਤਾ। ਸਰਾਭਾ ਨਗਰ ਬੀ ਅਰ ਐਸ ਨਗਰ, ਪੰਜਾਬ ਮਾਤਾ ਨਗਰ ਤੇ ਖਾਸ ਕਰ ਪੱਛਮੀ ਹਲਕੇ ਨਾਲ ਸੰਬੰਧਿਤ ਵੱਡੀ ਗਿਣਤੀ ਵਿੱਚ ਸਾਮਿਲ ਪਤਵੰਤੇ ਸੱਜਣਾਂ ਨੇ ਅਹਿਦ ਕੀਤਾ ਕਿ ਉਹ ਜੀ ਜਾਨ ਨਾਲ ਇਸ ਚੋਣ ਵਿੱਚ ਭਾਰਤ ਭੂਸਣ ਆਸੂ ਦੀ ਮੱਦਦ ਕਰਨਗੇ।

## ਚਿੱਟੇ ਵਾਲਿਆਂ ਬਾਰੇ ਦੱਸ ਦਿਓ ਦੋ ਦਿਨ 'ਚ ਟੰਗ ਦਿਆਂਗੇ : ਐਸ.ਐਚ.ਓ.



ਜਗਰਾਓਂ, 24 ਮਈ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਪੰਜਾਬ ਸਰਕਾਰ ਵੱਲੋਂ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅੱਜ ਜਦੋਂ ਹਲਕਾ ਜਗਰਾਓਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਹਲਕੇ ਦੇ ਪਿੰਡ ਰਸੂਲਪੁਰ (ਢਾਹਾ) ਵਿਖੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਵਾਉਣ ਲਈ ਪੁੱਜੇ, ਤਾਂ ਮਾਸਟਰ ਰਣਜੀਤ ਸਿੰਘ ਨੇ ਸੰਬੋਧਨ ਦੌਰਾਨ ਪੰਜਾਬ ਸਰਕਾਰ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਸਾਡੇ ਪਿੰਡ ਦੇ ਨੌਜੁਆਨਾਂ ਨੂੰ ਚਿੱਟੇ ਵਾਲਿਆਂ ਦੇ ਨਾਲ ਨਾਲ ਰਾਵਾਂ ਵਾਲੀ ਨਕਲੀ ਸ਼ਰਾਬ ਦੇ ਸਮੱਗਲਰਾਂ ਨੇ ਵੀ ਆਪਣੇ ਕਲਾਵੇ ਵਿੱਚ ਲੈ ਲਿਆ ਹੈ ਅਤੇ ਨੌਜੁਆਨਾਂ ਨੂੰ ਬਚਾਉਣ ਦੀ ਬਹੁਤ ਲੋੜ ਹੈ। ਪ੍ਰੋਗਰਾਮ ਦੌਰਾਨ ਮੌਜੂਦ ਪੁਲਿਸ ਥਾਣਾ ਸਦਰ ਦੇ ਐਸ.ਐਚ.ਓ ਸੁਰਜੀਤ ਸਿੰਘ ਨੇ ਮੌਕੇ ਤੇ ਹੀ ਮਾਈਕ ਸੰਭਾਲਦਿਆਂ ਲੋਕਾਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਸਾਨੂੰ ਚਿੱਟੇ ਦੇ ਤਸ਼ਕਰਾਂ ਅਤੇ ਸ਼ਰਾਬ ਸਮੱਗਲਰਾਂ ਬਾਰੇ ਇੱਕ ਵਾਰ ਦੱਸ ਦਿਓ, ਦੋ ਦਿਨ 'ਚ ਟੰਗ ਦਿਆਂਗੇ ਤੇ ਪਰਚਾ ਦਿਆਂਗੇ ਠੋਕ ਕੇ। ਉਹਨਾਂ ਆਖਿਆ ਕਿ ਸਾਡੇ ਪੰਜਾਬ ਦੀ ਜੁਆਨੀ ਨੂੰ ਬਰਬਾਦ ਕਰਨ ਵਾਲਿਆਂ ਨੂੰ ਬਖਸ਼ਾਂਗੇ ਨਹੀਂ। ਉਹਨਾਂ ਹੋਰ ਆਖਿਆ ਕਿ ਜਿਹੜੇ ਵੀ ਨੌਜੁਆਨ ਨਸ਼ੇ ਤੋਂ ਪ੍ਰਭਾਵਿਤ ਨੇ ਉਹਨਾਂ ਦਾ ਇਲਾਜ਼ ਕਰਵਾਇਆ ਜਾਵੇਗਾ ਅਤੇ ਜਿਹੜੇ ਚਿੱਟਾ ਵੇਚਦੇ ਹਨ, ਉਹਨਾਂ ਵਿਰੁੱਧ ਸਖਤ ਕਾਰਵਾਈ ਕਰਾਂਗੇ, ਬੱਸ...ਇੱਕ ਵਾਰ ਲੋਕ ਸਾਨੂੰ ਉਹਨਾਂ ਦੇ ਨਾਮ ਦੱਸ ਦੇਣ।

## ਸਿੱਖਿਆ ਸਕੱਤਰ ਪੰਜਾਬ ਨੇ ਡਾਇਰੈਕਟਰ ਸਿੱਖਿਆ ਵਿਭਾਗ ਨੂੰ ਜੌਗਰਫ਼ੀ ਵਿਸ਼ੇ ਸਬੰਧੀ ਨਿਰਦੇਸ਼ ਜਾਰੀ ਕੀਤੇ



ਰਾੜਾ ਸਾਹਿਬ, 24 ਮਈ (ਬਲਵਿੰਦਰ ਸਿੰਘ ਮਹਿਮੀ): ਜੌਗਰਫ਼ੀ ਪੋਸਟ ਗਰੈਜੂਏਟ ਟੀਚਰਜ਼ ਯੂਨੀਅਨ ਪੰਜਾਬ ਨੇ ਸੂਬਾ ਪ੍ਰਧਾਨ ਸੁਖਜਿੰਦਰ ਸਿੰਘ ਸੁੱਖੀ ਅਤੇ ਦਿਲਬਾਗ ਸਿੰਘ ਲਾਪਰਾਂ ਜਨਰਲ ਸਕੱਤਰ ਦੀ ਅਗਵਾਈ ਹੇਠ ਗੁਲਾਬ ਚੰਦ ਕਟਾਰੀਆ ਰਾਜਪਾਲ ਪੰਜਾਬ, ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਹੋਰਨਾਂ ਉਚ ਅਧਿਕਾਰੀਆਂ ਨੂੰ ਪੰਜਾਬ ਦੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਜੌਗਰਫ਼ੀ ਵਿਸ਼ੇ ਦੇ ਲੈਕਚਰਾਰਾਂ ਦੀ ਘਾਟ, ਪੰਜਾਬ ਸਰਕਾਰ ਦੇ ਗਜ਼ਟ ਨੋਟੀਫਿਕੇਸ਼ਨ ਅਨੁਸਾਰ ਮੰਨਜ਼ੂਰਸ਼ੁਦਾ 357 ਆਸਾਮੀਆਂ ਨੂੰ ਈ-ਪੰਜਾਬ ਪੋਰਟਲ ਤੇ ਦਰਸਾਉਣ, ਹੋਰਨਾਂ ਵਿਸ਼ਿਆਂ ਦੇ ਲੈਕਚਰਾਰਾਂ ਦੀਆਂ ਖਾਲੀ ਤੇ ਵਾਧੂ ਆਸਾਮੀਆਂ ਨੂੰ ਜੌਗਰਫੀ ਵਿਸ਼ੇ ਵਿੱਚ ਤਬਦੀਲ ਕਰਕੇ 118 ਐਮੀਨੈਂਸ ਸਕੂਲਾਂ ਤੇ 174 ਪੀ.ਐੱਮ ਸ਼੍ਰੀ ਸਕੂਲਾਂ ਵਿੱਚ ਜੌਗਰਫੀ ਵਿਸ਼ਾ ਚਾਲੂ ਕਰਕੇ ਪਦਉੱਨਤੀਆਂ ਕਰਨ, ਬਦਲੀਆਂ ਵਿੱਚ ਮੌਕਾ ਦੇ ਕੇ ਅਤੇ ਸਬੰਧਿਤ ਸਕੂਲਾਂ ਵਿੱਚ ਜੌਗਰਫ਼ੀ ਪ੍ਰੋਗਸ਼ਾਲਾ ਸਥਾਪਿਤ ਕਰਨ ਆਦਿ ਦੇ ਮੁੱਦਿਆਂ ਨੂੰ ਲੈ ਕੇ ਪੱਤਰ ਲਿਖੇ ਸਨ। ਜਿਸ ਤੇ ਕਾਰਵਾਈ ਕਰਦਿਆਂ ਮੁੱਖ ਮੰਤਰੀ ਪੰਜਾਬ ਦੇ ਅਤੇ ਰਾਜਪਾਲ ਪੰਜਾਬ ਦੇ ਦਫਤਰ ਵਲੋਂ ਸਿੱਖਿਆ ਸਕੱਤਰ ਸਕੂਲ ਨੂੰ ਉਕਤ ਮੰਗਾਂ ਸੰਬੰਧੀ ਲੋੜੀਂਦੀ ਕਾਰਵਾਈ ਕਰਨ ਬਾਰੇ ਲਿਖਿਆ ਗਿਆ। ਜਿਸ ਅਨੁਸਾਰ ਸਿੱਖਿਆ ਸਕੱਤਰ ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ ਪੰਜਾਬ (ਸਿੱਖਿਆ-2 ਸ਼ਾਖਾ) ਨੇ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ ਨੂੰ ਤੁਰੰਤ ਨਿਯਮਾਂ ਅਨੁਸਾਰ ਯੋਗ ਕਾਰਵਾਈ ਕਰਨ ਲਈ ਨਿਰਦੇਸ਼ ਦਿੱਤੇ ਹਨ।

## ਸੰਗਤਪੁਰੇ ਦੇ ਸਰਪੰਚ ਦੀ .ਗੈਰ ਹਾਜ਼ਰ 'ਚ ਲੋਕਾਂ ਨੇ ਵਿਖਾਇਆ ਨਸ਼ਿਆਂ ਵਿਰੁੱਧ ਉਤਸ਼ਾਹ



ਜਗਰਾਓਂ, 24 ਮਈ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਪੰਜਾਬ ਸਰਕਾਰ ਦੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਵਿੱਚ ਹਰ ਪਿੰਡ ਦੇ ਸਰਪੰਚ ਅਤੇ ਗਰਾਮ ਪੰਚਾਇਤ ਦਾ ਸ਼ਾਮਲ ਹੋਣਾ ਬਹੁਤ ਜ਼ਰੂਰੀ ਹੈ ਅਤੇ ਸਰਕਾਰ ਵੱਲੋਂ ਇਸ ਸਬੰਧੀ ਸਬੰਧਿਤ ਵਿਭਾਗਾਂ ਨੂੰ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ ਹੋਏ ਹਨ, ਕਿਉਂਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੇ ਧੀਆਂ-ਪੁੱਤ ਨਸ਼ਿਆਂ ਤੋਂ ਬਚਾਉਣ ਲਈ ਪਹਿਲ-ਕਦਮੀਂ ਕੀਤੀ ਹੈ। ਪਰੰਤੂ ਅੱਜ ਜਦੋਂ ਹਲਕਾ ਜਗਰਾਓਂ ਦੇ ਵਿਧਾਇਕਾ ਬੀਬੀ ਮਾਣੂੰਕੇ ਪਿੰਡ ਸੰਗਤਪੁਰਾ ਵਿਖੇ ਪਹੁੰਚੇ ਤਾਂ ਪਿੰਡ ਦਾ ਸਰਪੰਚ ਆਪਦੇ ਸਾਥੀਆਂ ਸਮੇਤ ਮੌਕੇ ਗੈਰ ਹਾਜ਼ਰ ਸੀ ਅਤੇ ਪਤਾ ਲੱਗਾ ਕਿ ਸਰਪੰਚ ਸਾਹਬ ਵਿਰੋਧੀ ਪਾਰਟੀ 'ਚ ਹੋਣ ਕਾਰਨ ਸਮਾਗਮ ਵਿੱਚ ਆਉਣ ਦੀ ਬਜਾਇ ਕਿਧਰੇ ਚਲੇ ਗਏ। ਪਰੰਤੂ ਪਿੰਡ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਗੁਰਦੁਆਰਾ ਸਾਹਿਬ ਵਿਖੇ ਪਹੁੰਚਕੇ ਸਰਪੰਚ ਦੀ ਗੈਰ-ਹਾਜ਼ਰੀ ਵਿੱਚ ਨਸ਼ਿਆਂ ਵਿਰੁੱਧ ਸਹੁੰ ਚੁੱਕੀ ਅਤੇ ਨਸ਼ਾ ਵੇਚਣ ਵਾਲਿਆਂ ਸਰਕਾਰ ਅਤੇ ਪੁਲਿਸ ਨੂੰ ਸਹਿਯੋਗ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਲੋਕਾਂ ਵਿੱਚ ਚਰਚਾ ਹੋ ਰਹੀ ਸੀ, ਕਿ ਲੋਕਾਂ ਦੀ ਭਲਾਈ ਅਤੇ ਨਸ਼ਿਆਂ ਦੀ ਮਾਰ ਝੱਲ ਰਹੀ ਪੰਜਾਬ ਦੀ ਜੁਆਨੀ ਨੂੰ ਬਚਾਉਣ ਲਈ ਸਿਆਸੀ ਅਤੇ ਗੈਰ ਸਿਆਸੀ ਹਿੱਤਾਂ ਤੋਂ ਉੱਪਰ ਉੱਠਕੇ ਅੱਗੇ ਆਉਣਾ ਚਾਹੀਦਾ ਹੈ।

## ਹਜ਼ੂਰੀ ਰਾਗੀ ਭਾਈ ਸੁਰਿੰਦਰ ਸਿੰਘ ਅਤੇ ਭਾਈ ਬਲਵੰਤ ਸਿੰਘ ਦਾ ਪ੍ਰਬੰਧਕਾਂ ਅਤੇ ਸੰਗਤਾਂ ਵੱਲੋਂ ਸਨਮਾਨ



ਮੁੱਲਾਂਪੁਰ ਦਾਖਾ, 24 ਮਈ (ਦਵਿੰਦਰ ਸਿੰਘ ਲੰਮੇ) : ਪਿਛਲੇ ਲੰਬੇ ਸਮੇਂ ਤੋਂ ਗੁਰਦੁਆਰਾ ਭਗਤ ਰਵਿਦਾਸ ਜੀ ਪਿੰਡ ਮੁੱਲਾਂਪੁਰ ਵਿਖੇ ਬਤੌਰ ਹਜ਼ੂਰੀ ਰਾਗੀ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਭਾਈ ਸੁਰਿੰਦਰ ਸਿੰਘ ਕੋਟਕਪੂਰਾ ਵਾਲੇ ਅਤੇ ਸਹਾਇਕ ਰਾਗੀ ਭਾਈ ਬਲਵੰਤ ਸਿੰਘ ਮਹੇਰਨਾਂ ਕਲਾਂ ਵਾਲਿਆਂ ਦਾ ਗੁਰਦੁਆਰਾ ਭਗਤ ਰਵਿਦਾਸ ਜੀ ਪ੍ਰਬੰਧਕਾਂ , ਸੁਖਮਨੀ ਸਾਹਿਬ ਦੇ ਜਾਪ ਕਰਨ ਵਾਲੀਆਂ ਬੀਬੀਆਂ ਅਤੇ ਸ਼ਹੀਦ ਊਧਮ ਸਿੰਘ ਵੈਲਫੇਅਰ ਕਲੱਬ ਵੱਲੋਂ ਸਿਰੋਪਾਉ, ਲੋਈਆਂ ਅਤੇ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਦਰਸ਼ਨ ਸਿੰਘ ਨੇ ਕਿਹਾ ਕਿ ਭਾਈ ਸੁਰਿੰਦਰ ਸਿੰਘ ਅਤੇ ਭਾਈ ਬਲਵੰਤ ਸਿੰਘ ਵੱਲੋਂ ਉਕਤ ਗੁਰੂ ਘਰ ਵਿਖੇ ਨਿਭਾਈਆਂ ਸ਼ਾਨਦਾਰ ਸੇਵਾਵਾਂ ਲਈ ਨਗਰ ਦੀਆਂ ਸੰਗਤਾਂ ਹਮੇਸ਼ਾਂ ਹੀ ਯਾਦ ਕਰਨਗੀਆਂ। ਉਹਨਾਂ ਕਿਹਾ ਕਿ ਨਿਮਰਤਾ ਅਤੇ ਮਿਲਾਪੜੇ ਸੁਭਾਅ ਦੇ ਦੋਵੇਂ ਸਿੰਘ ਹੁਣ ਵਿਦੇਸ਼ਾਂ ਵਿੱਚ ਸਿੱਖੀ ਦੇ ਪ੍ਰਚਾਰ ਲਈ ਜਾ ਰਹੇ ਹਨ। ਸਮੂਹ ਸੰਗਤਾਂ ਨੇ ਭਾਈ ਸਾਹਿਬ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਨਵੇਂ ਨਿਯੁਕਤ ਹੋਏ ਹਜ਼ੂਰੀ ਰਾਗੀ ਭਾਈ ਜੱਜ ਸਿੰਘ ਦਾ ਵੀ ਪ੍ਰਬੰਧਕਾਂ ਵੱਲੋਂ ਸਿਰੋਪਾਉ ਭੇਂਟ ਕਰਕੇ ਸਨਮਾਨ ਕਰਦਿਆਂ ਜੀ ਆਇਆਂ ਨੂੰ ਕਿਹਾ। ਇਸ ਮੌਕੇ ਪੰਚ ਸੁਖਵਿੰਦਰ ਸਿੰਘ ਲੰਮੇ ,ਪੰਚ ਕਰਮਜੀਤ ਸਿੰਘ ਕਲੱਬ ਪ੍ਰਧਾਨ ਮਨਜੀਤ ਸਿੰਘ , ਚੇਅਰਮੈਨ ਬਲੌਰ ਸਿੰਘ,ਚੰਦ ਸਿੰਘ ਚੋਪੜਾ,ਰਾਮ ਕਿਸ਼ਨ ਸਿੰਘ, ਸੂਬੇਦਾਰ ਸਰੂਪ ਸਿੰਘ, ਤੋਤਾ ਸਿੰਘ, ਮਾਸਟਰ ਬਲਦੇਵ ਸਿੰਘ, ਜਗਦੇਵ ਸਿੰਘ ਲੰਮੇ,ਜੱਥੇਦਾਰ ਜ਼ੋਰਾਂ ਸਿੰਘ, ਢਾਡੀ ਜੋਰਾ ਸਿੰਘ, ਬੀਬੀ ਪਰਮਜੀਤ ਕੌਰ ਲੰਮੇ, ਹਰਪ੍ਰੀਤ ਕੌਰ, ਰਛਪਾਲ ਕੌਰ,ਸ਼ਿੰਦਰ ਕੌਰ, ਕੁਲਦੀਪ ਕੌਰ, ਗੁਰਮੀਤ ਕੌਰ, ਕਰਮਜੀਤ ਕੌਰ, ਸਿਮਰਨਜੀਤ ਕੌਰ,ਸੁਖਮਨਪ੍ਰੀਤ ਸਿੰਘ,ਸਨਮਦੀਪ ਸਿੰਘ ਅਤੇ ਬਲਕਰਨ ਸਿੰਘ ਆਦਿ ਹਾਜ਼ਰ ਸਨ।

## ਅਰਬਨ ਅਸਟੇਟ ਬਣਾਉਣ ਲਈ ਉਪਜਾਊ ਜ਼ਮੀਨਾਂ ਐਕਵਾਇਰ ਕਰਨ ਵਿਰੁੱਧ ਚੇਤਾਵਨੀ ਰੈਲੀ 27 ਨੂੰ



ਮੁੱਲਾਂਪੁਰ ਦਾਖਾ, 24 ਮਈ (ਦਵਿੰਦਰ ਸਿੰਘ ਲੰਮੇ) : ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਲੁਧਿਆਣਾ ਦੀ ਸਾਂਝੀ ਮੀਟਿੰਗ ਦਾਣਾ ਮੰਡੀ ਮੁੱਲਾਂਪੁਰ ਵਿਖੇ ਬਲਦੇਵ ਸਿੰਘ ਲਤਾਲਾ, ਮਹਿੰਦਰ ਸਿੰਘ ਕਮਾਲਪੁਰਾ ਅਤੇ ਜੋਗਿੰਦਰ ਸਿੰਘ ਢਿੱਲੋ ਦੀ ਪ੍ਰਧਾਨਗੀ ਹੇਠ ਹੋਈ। ਸੰਯੁਕਤ ਕਿਸਾਨ ਮੋਰਚੇ ਨੇ ਮੀਟਿੰਗ 'ਚ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਨ ਦੀ ਵਧਾਈ ਦਿੰਦਿਆਂ ਆਖਿਆ ਕਿ ਸਾਨੂੰ ਸਰਾਭਾ ਜੀ ਦੇ ਵਿਚਾਰਾਂ ਤੋਂ ਸੇਧ ਲੈਕੇ ਸੰਘਰਸ਼ ਕਰਨਾ ਚਾਹੀਦਾ ਹੈ। ਇਸ ਮੌਕੇ ਹਾਜ਼ਰ ਆਗੂਆਂ ਵੱਲੋਂ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਲੁਧਿਆਣਾ ਜ਼ਿਲ੍ਹੇ ਦੇ ਦਰਜਨਾਂ ਪਿੰਡਾਂ ਦੀ ਹਜ਼ਾਰਾਂ ਏਕੜ ਉਪਜਾਊ ਜ਼ਮੀਨ ਜਬਰੀ ਐਕੁਵਾਇਰ ਕਰਨ ਵਿਰੁੱਧ 27 ਮਈ ਨੂੰ 11 ਵਜੇ ਸਵੇਰੇ ਗਲਾਡਾ ਦੇ ਦਫ਼ਤਰ ਦੇ ਸਾਹਮਣੇ ਸੰਯੁਕਤ ਕਿਸਾਨ ਮੋਰਚੇ, ਪੀੜਤ ਕਿਸਾਨਾਂ ਅਤੇ ਇਲਾਕਾ ਨਿਵਾਸੀਆਂ ਵੱਲੋ ਚਿਤਾਵਨੀ ਰੈਲੀ"ਕਰਕੇ ਸਰਕਾਰ ਨੂੰ ਇਹ ਯੋਜਨਾ ਰੱਦ ਕਰਨ ਦੀ ਮੰਗ ਕਰਨਗੇ। ਆਗੂਆਂ ਦੱਸਿਆ ਕਿ ਇਲਾਕੇ ਦੇ ਪਿੰਡ ਸਰਕਾਰ ਦੀ ਇਸ ਯੋਜਨਾ ਵਿਰੁੱਧ ਆਮ ਇਜਲਾਸ ਕਰਕੇ ਮਤੇ ਵੀ ਪਾਸ ਕਰ ਰਹੇ ਹਨ। ਉਹਨਾ ਪਿੰਡਾਂ ਨੂੰ ਅਪੀਲ ਕੀਤੀ ਕਿ ਜਿੰਨਾਂ ਨੇ ਅਜੇ ਤੱਕ ਮਤੇ ਪਾਸ ਨਹੀ ਕੀਤੇ ਉਹ ਜਲਦੀ ਮਤੇ ਪਾ ਕੇ ਭੇਜਣ। ਆਗੂਆਂ ਨੇ ਆਖਿਆ ਕਿ "ਚਿਤਾਵਨੀ ਰੈਲੀ"ਦੀ ਤਿਆਰੀ ਲਈ ਜ਼ਿਲ੍ਹੇ ਦੇ ਪਿੰਡਾਂ ਵਿੱਚ ਮੀਟਿੰਗਾਂ, ਰੈਲੀਆਂ, ਜਲਸੇ ਕਰਕੇ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ। ਅੱਜ ਦੀ ਮੀਟਿੰਗ ਵਿੱਚ ਆਲ ਇੰਡੀਆ ਕਿਸਾਨ ਸਭਾ(1936) ਦੇ ਚਮਕੌਰ ਸਿੰਘ ਬਰਮੀ, ਜਸਵੀਰ ਸਿੰਘ ਝੱਜ, ਆਲ ਇਡੀਆ ਕਿਸਾਨ ਸਭਾ (ਹੱਨਨ ਮੁੱਲਾ) ਦੇ ਰੂਪ ਬਸੰਤ ਸਿੰਘ ਵੜੈਚ, ਬਲਦੇਵ ਸਿੰਘ ਲਤਾਲਾ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਰਘਵੀਰ ਸਿੰਘ ਬੈਨੀਪਾਲ, ਹਰਨੇਕ ਸਿੰਘ ਗੁੱਜਰਵਾਲ, ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੇ ਜਗਰੂਪ ਸਿੰਘ ਹਸਨਪੁਰ ਆਦਿ ਨੇ ਮੀਟਿੰਗ ਨੂੰ ਸੰਬੋਧਨ ਕੀਤਾ।

# ਅਟਾਰੀ ਬਾਰਡਰ 'ਤੇ ਰੀਟਰੀਟ ਸੈਰੇਮਨੀ 'ਚ ਸੈਲਾਨੀ ਆਉਣੇ ਸ਼ੁਰੂ




ਅਟਾਰੀ, 24 ਮਈ (ਚ.ਨ.ਸ.) : ਪਹਿਲਗਾਮ 'ਚ ਅੱਤਵਾਦੀ ਹਮਲੇ ਤੋਂ ਬਾਅਦ ਦੋਵਾਂ ਮੁਲਕਾਂ ਵਿਚਾਲੇ ਪੈਦਾ ਹੋਏ ਤਨਾਅ ਮਗਰੋਂ ਸੁਰੱਖਿਆ ਦੇ ਮੱਦੇਨਜ਼ਰ ਰੀਟਰੀਟ ਸੈਰੇਮਨੀ ਵਿੱਚ ਸੈਲਾਨੀਆਂ ਦੇ ਦਾਖਲੇ 'ਤੇ ਰੋਕ ਲਗਾਈ ਗਈ ਸੀ। ਇਸ ਕਾਰਨ ਅਟਾਰੀ ਬਾਰਡਰ ਸਣੇ ਅੰਮ੍ਰਿਤਸਰ ਦੇ ਸਾਰੇ ਹੋਟਲਾਂ, ਰੈਸਟੋਰੈਂਟਾਂ, ਢਾਬਿਆਂ, ਆਟੋ ਰਿਕਸ਼ਾ, ਰਿਕਸ਼ਾ ਅਤੇ ਟੈਕਸੀਆਂ ਦਾ ਕਾਰੋਬਾਰ ਤਕਰੀਬਨ ਠੱਪ ਹੋ ਗਿਆ ਸੀ। ਭਾਰਤ ਸਰਕਾਰ ਵੱਲੋਂ 20 ਮਈ ਨੂੰ ਜਦੋਂ ਫਿਰ ਅਟਾਰੀ ਸਰਹੱਦ 'ਤੇ ਰੀਟਰੀਟ ਸੈਰੇਮਨੀ 'ਚ ਸੈਲਾਨੀਆਂ ਦੇ ਦਾਖਲੇ ਨੂੰ ਹਰੀ ਝੰਡੀ ਦਿੱਤੀ ਗਈ ਤਾਂ ਇਸ ਮਗਰੋਂ ਇਨ੍ਹਾਂ ਕਾਰੋਬਾਰਾਂ ਦੇ ਮਾਲਕਾਂ ਦੇ ਚਿਹਰਿਆਂ 'ਤੇ ਇਕ ਵਾਰ ਫਿਰ ਖ਼ੁਸ਼ੀ ਮੁੜੀ ਹੈ। ਲੋਕਾਂ ਦੇ ਆਉਣ ਨਾਲ ਕਾਰੋਬਾਰ ਨੂੰ ਵੱਡਾ ਹੁਲਾਰਾ ਮਿਲਣ ਦੀ ਆਸ ਬੱਝੀ ਹੈ। ਇਸ ਸਬੰਧੀ ਅਟਾਰੀ ਬਾਰਡਰ ਸਣੇ ਹਾਈਵੇਅ 'ਤੇ ਬਣੇ ਢਾਬਿਆਂ ਦੀ ਮੌਜੂਦਾ ਸਥਿਤੀ ਦੇਖੀ ਗਈ ਤਾਂ ਕਾਰੋਬਾਰੀ ਖ਼ੁਸ਼ ਨਜ਼ਰ ਆਏ। ਇਸ ਮੌਕੇ ਹਾਈਵੇਅ 'ਤੇ ਇਕ ਢਾਬੇ ਦੇ ਮਾਲਕ ਗੁਰਸ਼ਰਨ ਸਿੰਘ ਗੋਲਡੀ ਨੇ ਗੱਲਬਾਤ ਦੌਰਾਨ ਕਿਹਾ ਕਿ ਜਦੋਂ ਭਾਰਤ-ਪਾਕਿ ਦਰਮਿਆਨ ਜੰਗ ਵਰਗਾ ਮਾਹੌਲ ਬਣਿਆ ਸੀ ਤਾਂ ਸਾਡੇ ਕਾਰੋਬਾਰ ਬਿਲਕੁੱਲ ਬੰਦ ਹੋ ਗਏ ਸਨ। ਇੱਥੋਂ ਤਕ ਕਿ ਸਾਰਾ ਸਟਾਫ ਵੀ ਘਰੋਂ-ਘਰੀ ਮੁੜ ਗਿਆ ਸੀ। ਉਨ੍ਹਾਂ ਦਾ ਖਰਚਾ ਵੀ ਝੱਲਣਾ ਪੈ ਰਿਹਾ ਸੀ। ਉਨ੍ਹਾਂ ਕਿਹਾ ਕਿ ਹੁਣ ਫਿਰ ਜਦੋਂ ਅਟਾਰੀ ਬਾਰਡਰ 'ਤੇ ਰੀਟਰੀਟ ਸੈਰੇਮਨੀ 'ਚ ਸੈਲਾਨੀ ਆਉਣੇ ਸ਼ੁਰੂ ਹੋਏ ਹਨ ਤਾਂ ਸਟਾਫ ਵੀ ਮੁੜ ਰਿਹਾ ਹੈ। ਅਟਾਰੀ ਬਾਰਡਰ 'ਤੇ ਪੰਜਾਬ ਸਰਕਾਰ ਵੱਲੋਂ ਬਣਾਏ ਗਏ ਸ਼ਾਹੀ ਕਿਲ੍ਹੇ ਦੇ ਠੇਕੇਦਾਰ ਸੰਜੀਵ ਅਗਰਵਾਲ ਨੇ ਕਿਹਾ ਕਿ ਉਨ੍ਹਾਂ ਕੋਲ 100 ਦੇ ਕਰੀਬ ਸਟਾਫ ਕੰਮ ਕਰਦਾ ਹੈ ਤੇ ਕਾਰੋਬਾਰ ਬੰਦ ਹੋਣ ਕਾਰਨ ਸਾਰੇ ਸਟਾਫ ਨੂੰ ਛੁੱਟੀ 'ਤੇ ਭੇਜਣਾ ਪਿਆ ਸੀ। ਉਨ੍ਹਾਂ ਕਿਹਾ ਕਿ ਹਾਲਾਂਕਿ ਕਾਰੋਬਾਰ ਨੂੰ ਮੁੜ ਪੂਰੀ ਤਰ੍ਹਾਂ ਲੀਹਾਂ 'ਤੇ ਆਉਣ ਲਈ ਸਮਾਂ ਲੱਗੇਗਾ। ਇਸੇ ਤਰ੍ਹਾਂ ਕੁਲੀਆਂ ਦੇ ਪ੍ਰਧਾਨ ਅਮਰੀਕ ਸਿੰਘ ਸਣੇ ਅਟਾਰੀ ਬਾਰਡਰ 'ਤੇ ਮਜ਼ਦੂਰੀ ਕਰਦੇ ਹੋਰ ਕੁਲੀ ਭਾਈਚਾਰੇ ਦੇ ਲੋਕਾਂ ਦਾ ਕਹਿਣਾ ਹੈ ਕਿ ਅਫ਼ਗਾਨਿਸਤਾਨ ਤੋਂ ਪਾਕਿਸਤਾਨ ਰਾਹੀਂ ਡਰਾਈ ਫਰੂਟ ਦੇ ਟਰੱਕ ਆ ਤਾਂ ਰਹੇ ਹਨ ਪਰ ਇਹ ਉਹ ਡਰਾਈ ਫਰੂਟ ਦੇ ਟਰੱਕ ਹਨ ਜੋ ਭਾਰਤ ਸਰਕਾਰ ਦੇ ਹੁਕਮਾਂ ਅਨੁਸਾਰ ਅਟਾਰੀ ਬਾਰਡਰ ਬੰਦ ਕਰਨ ਤੋਂ ਬਾਅਦ ਪਾਕਿਸਤਾਨ ਵਾਲੇ ਪਾਸੇ ਰੁਕੇ ਪਏ ਸਨ। ਉਨ੍ਹਾਂ ਕਿਹਾ ਕਿ ਕੋਈ 150 ਤੋਂ 200 ਦੇ ਕਰੀਬ ਪਾਕਿਸਤਾਨ ਵਾਲੇ ਪਾਸੇ ਡਰਾਈ ਫਰੂਟ ਦੇ ਟਰੱਕ ਰੁਕੇ ਹੋਏ ਹਨ ਜੋ ਹੌਲੀ-ਹੌਲੀ ਆ ਰਹੇ ਹਨ। ਇਨ੍ਹਾਂ ਟਰੱਕਾਂ ਤੋਂ ਬਾਅਦ ਜੇ ਅਫ਼ਗਾਨਿਸਤਾਨ ਤੋਂ ਟਰੱਕ ਆਉਣਗੇ ਫਿਰ ਕੋਈ ਸੌਖਾ ਸਾਹ ਆਉਣ ਦੀ ਆਸ ਬੱਝੇਗੀ। ਅਟਾਰੀ ਬਾਰਡਰ 'ਤੇ ਰੇਹੜੀ-ਫੜੀ ਦਾ ਕਾਰੋਬਾਰ ਚਲਾਉਣ ਵਾਲੇ ਰਾਹੁਲ ਨਾਂ ਦੇ ਇਕ ਵਿਅਕਤੀ ਸਮੇਤ ਹੋਰ ਲੋਕਾਂ ਨੇ ਕਿਹਾ ਕਿ ਵਪਾਰ ਬੰਦ ਹੋਣ ਨਾਲ ਮਜ਼ਦੂਰੀ ਮਿਲਣ ਦਾ ਕੰਮ ਵੀ ਬੰਦ ਹੋ ਗਿਆ ਸੀ। ਹੁਣ ਵਪਾਰ ਖੁੱਲ੍ਹਣ ਨਾਲ ਸੁੱਖ ਦਾ ਸਾਹ ਆਇਆ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਬੇਸ਼ੱਕ ਅਸੀਂ ਭਾਰਤ ਸਰਕਾਰ ਦੇ ਹਰੇਕ ਫੈਸਲੇ ਦੇ ਨਾਲ ਹਾਂ ਪਰ ਅਜਿਹਾ ਮਾਹੌਲ ਮੁੜ ਨਾ ਬਣੇ, ਜਿਸ ਨਾਲ ਕਾਰੋਬਾਰਾਂ ਨੂੰ ਧੱਕਾ ਲੱਗੇ। ਉਨ੍ਹਾਂ ਦੋਵੇਂ ਪਾਸੇ ਅਮਨ ਦੀ ਅਪੀਲ ਕੀਤੀ ਹੈ।

# ਸ੍ਰੀ ਹੇਮਕੁੰਟ ਯਾਤਰਾ ਲਈ ਸ਼ਰਧਾਲੂਆਂ 'ਚ ਭਾਰੀ ਉਤਸ਼ਾਹ

## ☛ ਪਹਿਲੇ ਜੱਥੇ ਦਾ ਗੋਬਿੰਦ ਘਾਟ ਪਹੁੰਚਣ 'ਤੇ ਸਵਾਗਤ



ਗੋਬਿੰਦਘਾਟ, 24 ਮਈ (ਚ.ਨ.ਸ): ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ 25 ਮਈ ਨੂੰ ਖੁੱਲ੍ਹ ਰਹੇ ਹਨ, ਜਿਸ ਲਈ ਗੁਰਦੁਆਰਾ ਗੋਬਿੰਦ ਘਾਟ ਜ਼ਿਲ੍ਹਾ ਚਮੋਲੀ ਉਤਰਾਖੰਡ ਤੋਂ ਪੈਦਲ ਯਾਤਰਾ ਆਰੰਭ ਹੋਈ। ਇਸ ਤੋਂ ਪਹਿਲਾਂ ਗੁਰਦੁਆਰਾ ਗੋਬਿੰਦ ਘਾਟ ਵਿਖੇ ਚੱਲ ਰਹੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਪੰਜ ਪਿਆਰਿਆਂ ਦੀ ਅਗਵਾਈ ਹੇਠ ਗੋਬਿੰਦ ਘਾਟ ਤੋਂ ਰਵਾਨਾ ਹੋਣ ਵਾਲਾ ਇਹ ਪਹਿਲਾ ਜੱਥਾ ਰਾਤ ਨੂੰ ਗੋਬਿੰਦ ਧਾਮ ਵਿਖੇ ਵਿਸ਼ਰਾਮ ਕਰੇਗਾ ਅਤੇ 25 ਮਈ ਨੂੰ ਤੜਕੇ 4 ਵਜੇ ਯਾਤਰਾ ਦੇ ਆਖਰੀ ਪੜਾਅ ਸ੍ਰੀ ਹੇਮਕੁੰਟ ਸਾਹਿਬ ਲਈ ਚਾਲੇ ਪਾਵੇਗਾ। ਉਥੇ ਹੀ ਦੂਜੇ ਪਾਸੇ ਯਾਤਰਾ ਲਈ ਦੂਰ ਦੁਰਾਡੇ ਇਲਾਕਿਆਂ ਤੋਂ ਵੱਡੀ ਤਾਦਾਦ ਵਿਚ ਸ਼ਰਧਾਲੂ ਪੂਰੇ ਉਤਸ਼ਾਹ ਨਾਲ ਗੁਰਦੁਆਰਾ ਗੋਬਿੰਦ ਘਾਟ ਵਿਖੇ ਪਹੁੰਚ ਰਹੇ ਹਨ, ਜਿਥੇ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਵੱਲੋਂ ਸੰਗਤ ਲਈ ਰਿਹਾਇਸ਼, ਲੰਗਰ ਅਤੇ ਹੋਰ ਲੋੜੀਂਦੀਆਂ ਸੁਵਿਧਾਵਾਂ ਦੇ ਪੁਖਤਾ ਪ੍ਰਬੰਧ ਕੀਤੇ ਗਏ। ਸ਼ਰਧਾਲੂਆਂ ਦੀ ਆਮਦ ਦੇ ਮੱਦੇਨਜ਼ਰ ਪ੍ਰਸ਼ਾਸਨ ਵੀ ਪੱਬਾਂ ਭਾਰ ਦਿਖਾਈ ਦੇ ਰਿਹਾ ਹੈ ਅਤੇ ਇਸ ਸਬੰਧੀ ਅੱਜ ਜ਼ਿਲ੍ਹਾ ਚਮੋਲੀ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਟਰੱਸਟ ਦੇ ਪ੍ਰਧਾਨ ਨਰਿੰਦਰਜੀਤ ਸਿੰਘ ਬਿੰਦਰਾ ਅਤੇ ਮੈਨੇਜਰ ਸੇਵਾ ਸਿੰਘ ਨਾਲ ਯਾਤਰਾ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ ਮੀਟਿੰਗ ਵੀ ਕੀਤੀ। ਗੁਰਦੁਆਰਾ ਗੋਬਿੰਦ ਘਾਟ ਦੇ ਮੈਨੇਜਰ ਸੇਵਾ ਸਿੰਘ ਨੇ ਦੱਸਿਆ ਕਿ ਯਾਤਰਾ ਸਬੰਧੀ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਨੇ ਦੱਸਿਆ ਕਿ ਟਰੱਸਟ ਵੱਲੋਂ ਸਿਹਤ ਸਹੂਲਤਾਂ ਨੂੰ ਲੈ ਕੇ ਗੋਬਿੰਦ ਘਾਟ, ਗੋਬਿੰਦ ਧਾਮ ਅਤੇ ਹੇਮਕੁੰਟ ਸਹਿਬ ਵਿਖੇ ਮਾਹਿਰ ਡਾਕਟਰਾਂ ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ ਅਤੇ ਸਰਕਾਰ ਵੱਲੋਂ ਵੀ ਗੋਬਿੰਦ ਘਾਟ ਤੇ ਗੋਬਿੰਦ ਧਾਮ ਵਿਖੇ ਸਿਹਤ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਐਸਡੀਆਰਐਫ, ਪੁਲਿਸ ਬਲ ਤਾਇਨਤਾਤ ਕੀਤੇ ਗਏ ਹਨ, ਜੋ ਕਿ ਬਰਫ ਦੇ 3 ਕਿਲੋਮੀਟਰ ਦੇ ਇਲਾਕੇ ਵਿਚ ਸੰਗਤ ਨੂੰ ਆਉਣ ਜਾਣ ਵਿਚ ਮਦਦ ਮੁਹੱਈਆ ਕਰਵਾਉਣਗੇ। ਸੇਵਾ ਸਿੰਘ ਨੇ ਦੱਸਿਆ ਕਿ ਯਾਤਰੀ ਆਪਣੀ ਰਜਿਸਟ੍ਰੇਸ਼ਨ ਕਰਵਾ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਦੇ ਅਹਿਮ ਪੜਾਅ ਗੁਰਦੁਆਰਾ ਗੋਬਿੰਦ ਘਾਟ ਵਿਖੇ ਵਿਦੇਸ਼ੀ ਫੁੱਲਾਂ ਨਾਲ ਖੂਬਸੂਰਤ ਸਜਾਵਟ ਕੀਤੀ ਗਈ ਹੈ। ਗੁਰਦੁਆਰਾ ਸਮੂਹ ਨੂੰ ਰੰਗ ਬਿਰੰਗੀਆਂ ਰੌਸ਼ਨੀਆਂ ਨਾਲ ਵੀ ਰੁਸ਼ਨਾਇਆ ਗਿਆ ਹੈ, ਜੋ ਕਿ ਸੰਗਤ ਲਈ ਖਿਚ ਦਾ ਕੇਂਦਰ ਬਣੀ ਹੋਈ ਹੈ।

# ਐੱਲ.ਓ.ਸੀ. ਦੇ ਨਾਲ ਜੰਗਲ 'ਚ ਅੱਗ ਲੱਗਣ ਕਾਰਨ ਹੋਇਆ ਬਾਰੂਦੀ ਸੁਰੰਗਾਂ 'ਚ ਧਮਾਕਾ



ਮੇਂਢਰ/ਜੰਮੂ, 24 ਮਈ (ਚ.ਨ.ਸ): ਜੰਮੂ-ਕਸ਼ਮੀਰ ਦੇ ਪੁੰਛ ਜ਼ਿਲ੍ਹੇ ਵਿਚ ਅੱਜ ਕੰਟਰੋਲ ਰੇਖਾ ਐਲਓਸੀ ਦੇ ਨਾਲ ਜੰਗਲ ਵਿੱਚ ਅੱਗ ਲੱਗਣ ਕਾਰਨ ਕਈ ਬਾਰੂਦੀ ਸੁਰੰਗਾਂ ਵਿਚ ਧਮਾਕਾ ਹੋ ਗਿਆ ਪਰ ਇਸ ਨਾਲ ਕਿਸੇ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਹੈ। ਜਾਣਕਾਰੀ ਅਨੁਸਾਰ ਐਲਓਸੀ ਨੇੜੇ ਜੰਗਲ ਨੂੰ ਅੱਗ ਲੱਗ ਗਈ ਤੇ ਕ੍ਰਿਸ਼ਨਾ ਘਾਟੀ ਸੈਕਟਰ ਦੇ ਪਹਾੜੀ ਖੇਤਰ ਦੇ ਵੱਡੇ ਹਿੱਸੇ ਵਿਚ ਫੈਲ ਗਈ। ਅਧਿਕਾਰੀ ਨੇ ਕਿਹਾ ਕਿ ਜੰਗਲ ਨੂੰ ਅੱਗ ਲੱਗਣ ਕਾਰਨ ਤਾਰ ਵਾੜ ਦੇ ਕਈ ਬਾਰੂਦੀ ਸੁਰੰਗਾਂ ਫਟੀਆਂ ਪਰ ਕਿਸੇ ਜਾਨੀ ਨੁਕਸਾਨ ਜਾਂ ਕਿਸੇ ਦੇ ਸੱਟ ਲੱਗਣ ਦੀ ਖਬਰ ਨਹੀਂ ਹੈ। ਫੌਜ ਅਤੇ ਜੰਗਲਾਤ ਵਿਭਾਗ ਦੇ ਅਧਿਕਾਰੀ ਸਥਾਨਕ ਲੋਕਾਂ ਦੇ ਨਾਲ ਅੱਗ ਬੁਝਾਉਣ ਦੀ ਕੋਸ਼ਿਸ਼ ਕਰ ਰਹੇ ਹਨ।

# 'ਆਪ' ਸਰਕਾਰ ਦੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਇੱਕ ਮੰਤਰੀ ਤੇ ਦੋ ਵਿਧਾਇਕਾਂ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਜਾਣਾ ਪਿਆ ਜੇਲ੍ਹ

ਚੰਡੀਗੜ੍ਹ, 24 ਮਈ (ਚ.ਨ.ਸ.) : ਆਪ ਸਰਕਾਰ ਦੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਇਕ ਮੰਤਰੀ ਅਤੇ ਦੋ ਵਿਧਾਇਕਾਂ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਜੇਲ੍ਹ ਜਾਣਾ ਪਿਆ ਹੈ। ਹਾਲਾਂਕਿ ਕਈ ਹੋਰ ਵਿਧਾਇਕਾਂ, ਆਪ ਨੇਤਾਵਾਂ ਤੇ ਅਫ਼ਸਰਸ਼ਾਹੀ 'ਤੇ ਵੀ ਉਂਗਲ ਉੱਠਦੀ ਰਹੀ ਹੈ ਪਰ ਪੰਜਾਬ ਦੀ ਸਿਆਸਤ 'ਚ ਪਹਿਲੀ ਵਾਰ ਹੈ ਕਿ ਸਰਕਾਰ ਨੇ ਆਪਣੇ ਵਿਧਾਇਕਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਹੋਵੇ। ਜਾਣਕਾਰੀ ਅਨੁਸਾਰ ਸਾਲ 2023 'ਚ ਹੋਈ ਜਲੰਧਰ ਲੋਕ ਸਭਾ ਦੀ ਜ਼ਿਮਨੀ ਚੋਣ ਦੌਰਾਨ ਪਾਰਟੀ ਹਾਈਕਮਾਨ ਨੂੰ ਜਲੰਧਰ ਕੇਂਦਰੀ ਤੋਂ ਵਿਧਾਇਕ ਰਮਨ ਅਰੋੜਾ ਤੇ ਆਪ ਦੇ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ ਦੇ ਖ਼ਿਲਾਫ਼ ਬਹੁਤ ਸਾਰੀਆਂ ਸ਼ਿਕਾਇਤਾਂ ਮਿਲੀਆਂ ਸਨ। ਪਾਰਟੀ ਲੀਡਰਸ਼ਿਪ ਨੂੰ ਪ੍ਰਚਾਰ ਦੌਰਾਨ ਇਨ੍ਹਾਂ ਵਿਧਾਇਕਾਂ ਦੀ ਕਾਰਗੁਜ਼ਾਰੀ ਕਰਕੇ ਲੋਕਾਂ ਦੇ ਰੋਹ ਦਾ ਸਾਹਮਣਾ ਵੀ ਕਰਨਾ ਪਿਆ। ਦੱਸਿਆ ਜਾਂਦਾ ਹੈ ਕਿ ਪਾਰਟੀ ਦੇ ਇਨ੍ਹਾਂ ਆਗੂਆਂ ਨੂੰ ਸਮਝਾਉਣ ਦਾ ਯਤਨ ਵੀ ਕੀਤਾ ਗਿਆ ਸੀ ਪਰ ਅੱਜ ਰਮਨ ਅਰੋੜਾ ਵਿਜੀਲੈਂਸ ਦੇ ਅੜਿੱਕੇ ਆ ਗਿਆ। ਪਿਛਲੇ ਹਫ਼ਤੇ ਪਹਿਲਾਂ ਅਰੋੜਾ ਦੀ ਸੁਰੱਖਿਆ ਵਾਪਸ ਲਈ ਗਈ ਸੀ। ਭ੍ਰਿਸ਼ਟਾਚਾਰ ਦੇ ਮਾਮਲੇ 'ਚ ਵਿਜੀਲੈਂਸ ਦੇ ਅੜਿੱਕੇ ਆਉਣ ਵਾਲੇ ਅਰੋੜਾ 'ਆਪ' ਸਰਕਾਰ ਦੇ ਤੀਜੇ ਵਿਧਾਇਕ ਹਨ। ਮਈ 2022 ਵਿੱਚ ਉਸ ਵੇਲੇ ਦੇ ਸਿਹਤ ਮੰਤਰੀ ਡਾ. ਵਿਜੇ ਸਿੰਗਲਾ ਵਿਰੁੱਧ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਪਹਿਲੀ ਕਾਰਵਾਈ ਕੀਤੀ ਗਈ ਸੀ। ਮੁੱਖ ਮੰਤਰੀ ਨੇ ਖ਼ੁਦ ਇੱਕ ਵੀਡੀਓ ਜਾਰੀ ਕਰਕੇ ਡਾ. ਸਿੰਗਲਾ ਖ਼ਿਲਾਫ਼ ਭ੍ਰਿਸ਼ਟਾਚਾਰ ਦੇ ਸਬੂਤ ਹੋਣ ਦੀ ਗੱਲ ਕਹੀ ਸੀ। ਮੁੱਖ ਮੰਤਰੀ ਨੇ ਕਿਹਾ ਕਿ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਕਿਸੇ ਨੂੰ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਹ ਗੱਲ ਵੱਖਰੀ ਹੈ ਕਿ ਡਾ. ਸਿੰਗਲਾ ਵਿਰੁੱਧ ਚਾਰਜਸ਼ੀਟ ਅਦਾਲਤ ਵਿੱਚ ਪੇਸ਼ ਨਹੀਂ ਕੀਤੀ ਗਈ। ਇਸ ਘਟਨਾ ਤੋਂ 17 ਦਿਨ ਪਹਿਲਾਂ 7 ਮਈ 2022 ਨੂੰ ਸੀ.ਬੀ.ਆਈ. ਨੇ ਅਮਰਗੜ੍ਹ ਦੇ ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ 'ਤੇ 41 ਕਰੋੜ ਰੁਪਏ ਦੇ ਧੋਖਾਧੜੀ ਦੇ ਮਾਮਲੇ ਵਿੱਚ ਛਾਪਾ ਮਾਰਿਆ ਸੀ। ਈ.ਡੀ. ਨੇ ਗੱਜਣਮਾਜਰਾ ਨੂੰ 6 ਨਵੰਬਰ 2023 ਨੂੰ ਗ੍ਰਿਫ਼ਤਾਰ ਕੀਤਾ ਸੀ। ਇਸੇ ਤਰ੍ਹਾਂ ਫਰਵਰੀ 2023 ਵਿੱਚ ਬਠਿੰਡਾ ਦਿਹਾਤੀ ਦੇ ਵਿਧਾਇਕ ਅਮਿਤ ਰਤਨ ਕੋਟਫੱਤਾ ਵਿਜੀਲੈਂਸ ਨੇ ਰਿਸ਼ਵਤ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਸੀ। ਯਾਦ ਰਹੇ ਕਿ ਸਤੰਬਰ 2022 ਵਿੱਚ ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਦੇ ਓਐਸਡੀ ਨਾਲ ਦੀ ਆਡੀਓ ਜਨਤਕ ਹੋ ਗਈ। ਵਿਰੋਧੀ ਧਿਰ ਦੇ ਦਬਾਅ ਕਾਰਨ ਸਰਕਾਰ ਨੇ 7 ਜਨਵਰੀ 2023 ਨੂੰ ਸਰਾਰੀ ਦਾ ਅਸਤੀਫਾ ਲੈ ਲਿਆ। ਇਸੇ ਤਰ੍ਹਾਂ ਵਿਧਾਇਕ ਸਰਬਜੀਤ ਕੌਰ ਮਾਣੂੰਕੇ 'ਤੇ ਇਕ ਐਨ.ਆਰ.ਆਈ. ਦੇ ਬੰਗਲੇ 'ਤੇ ਕਬਜ਼ਾ ਕਰਨ ਦੇ ਦੋਸ਼ ਲੱਗੇ। ਸੂਤਰ ਮੁਤਾਬਕ ਪਾਰਟੀ ਹਾਈਕਮਾਨ ਨੂੰ ਕਈ ਹੋਰ ਵਿਧਾਇਕਾਂ ਖ਼ਿਲਾਫ਼ ਵੀ ਭ੍ਰਿਸ਼ਟਾਚਾਰ ਦੀਆਂ ਸ਼ਿਕਾਇਤਾਂ ਮਿਲ ਰਹੀਆਂ ਹਨ। ਦੱਸਿਆ ਜਾ ਰਿਹਾ ਹੈ ਕਿ ਪਾਰਟੀ ਹਾਈਕਮਾਨ ਵੱਲੋਂ ਭ੍ਰਿਸ਼ਟਾਚਾਰ ਖ਼ਿਲਾਫ਼ ਚੱਲ ਰਹੀ ਹਵਾ ਨੂੰ ਠੱਲਣ ਲਈ ਆਗਾਮੀ ਦਿਨਾਂ 'ਚ ਹਰ ਵਿਧਾਇਕਾਂ ਤੇ ਆਪ ਨੇਤਾਵਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆ ਸਕਦੀ ਹੈ।

# ਟਰੰਪ ਨੇ ਐਪਲ ਦੇ ਟਿਮ ਕੁੱਕ ਨੂੰ ਦਿੱਤੀ ਚੇਤਾਵਨੀ, ਅਮਰੀਕਾ 'ਚ ਵੇਚੇ ਜਾਣ ਵਾਲੇ ਆਈਫੋਨ ਅਮਰੀਕਾ 'ਚ ਬਣਾਏ ਜਾਣ

ਵਾਸ਼ਿੰਗਟਨ, 24 ਮਈ (ਚ.ਨ.ਸ): ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁੱਕਰਵਾਰ ਨੂੰ ਐਪਲ ਦੇ ਸੀਈਓ ਟਿਮ ਕੁੱਕ ਨੂੰ ਸਖ਼ਤ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਅਮਰੀਕਾ ਵਿੱਚ ਵੇਚੇ ਜਾਣ ਵਾਲੇ ਆਈਫੋਨ ਅਮਰੀਕਾ ਵਿੱਚ ਬਣਾਏ ਜਾਣੇ ਚਾਹੀਦੇ ਹਨ-ਭਾਰਤ ਜਾਂ ਕਿਸੇ ਹੋਰ ਦੇਸ਼ ਵਿੱਚ ਨਹੀਂ, ਨਹੀਂ ਤਾਂ ਉਨ੍ਹਾਂ ਨੂੰ ਘੱਟੋ-ਘੱਟ 25% ਟੈਰਿਫ ਦਾ ਭੁਗਤਾਨ ਕਰਨਾ ਪਵੇਗਾ। ਟਰੂਥ ਸੋਸ਼ਲ 'ਤੇ ਇੱਕ ਪੋਸਟ ਵਿੱਚ ਅਮਰੀਕੀ ਰਾਸ਼ਟਰਪਤੀ ਨੇ ਕਿਹਾ ਕਿ ਮੈਂ ਐਪਲ ਦੇ ਟਿਮ ਕੁੱਕ ਨੂੰ ਬਹੁਤ ਸਮਾਂ ਪਹਿਲਾਂ ਕਿਹਾ ਸੀ ਕਿ ਮੈਨੂੰ ਉਮੀਦ ਹੈ ਕਿ ਅਮਰੀਕਾ ਵਿੱਚ ਵਿਕਣ ਵਾਲੇ ਉਨ੍ਹਾਂ ਦੇ ਆਈਫੋਨ ਅਮਰੀਕਾ ਵਿਚ ਬਣਾਏ ਜਾਣਗੇ, ਭਾਰਤ ਜਾਂ ਕਿਤੇ ਹੋਰ ਨਹੀਂ। ਇਹ ਉਦੋਂ ਹੋਇਆ ਜਦੋਂ ਪਿਛਲੇ ਹਫ਼ਤੇ ਟਰੰਪ ਨੇ ਕਿਹਾ ਸੀ ਕਿ ਉਸਨੇ ਕੁੱਕ ਨੂੰ ਭਾਰਤ ਵਿੱਚ ਪਲਾਂਟ ਬਣਾਉਣ ਤੋਂ ਇਨਕਾਰ ਕਰ ਦਿੱਤਾ ਸੀ। ਮੈਨੂੰ ਕੱਲ੍ਹ ਟਿਮ ਕੁੱਕ ਨਾਲ ਥੋੜ੍ਹੀ ਜਿਹੀ ਪਰੇਸ਼ਾਨੀ ਹੋਈ ਟਰੰਪ ਨੇ ਕਿਹਾ। ਉਹ ਪੂਰੇ ਭਾਰਤ ਵਿੱਚ ਨਿਰਮਾਣ ਕਰ ਰਹੇ ਹਨ। ਮੈਂ ਨਹੀਂ ਚਾਹੁੰਦਾ ਕਿ ਤੁਸੀਂ ਭਾਰਤ ਵਿੱਚ ਨਿਰਮਾਣ ਕਰੋ। ਐਪਲ ਆਪਣੇ ਜ਼ਿਆਦਾਤਰ ਆਈਫੋਨ ਚੀਨ ਵਿੱਚ ਬਣਾਉਂਦਾ ਹੈ ਤੇ ਅਮਰੀਕਾ ਵਿੱਚ ਇਸਦਾ ਕੋਈ ਸਮਾਰਟਫੋਨ ਉਤਪਾਦਨ ਨਹੀਂ ਹੈ। ਐਪਲ ਨੇ ਮਾਰਚ ਤੱਕ 12 ਮਹੀਨਿਆਂ ਵਿੱਚ ਭਾਰਤ ਵਿੱਚ 22 ਬਿਲੀਅਨ ਮੁੱਲ ਦੇ ਆਈਫੋਨ ਇਕੱਠੇ ਕੀਤੇ, ਜਿਸ ਨਾਲ ਇੱਕ ਸਾਲ ਪਹਿਲਾਂ ਨਾਲੋਂ ਉਤਪਾਦਨ ਵਿੱਚ ਲਗਭਗ 60% ਦਾ ਵਾਧਾ ਹੋਇਆ।

# ਵਿਧਾਇਕ ਬੜਿੰਗ ਵੱਲੋਂ ਸਰਕਾਰੀ ਸੀਨੀ. ਸੈਕੰ. ਸਕੂਲ ਮੰਡੀ ਗੋਬਿੰਦਗੜ੍ਹ ਵਿਖੇ ਵਿਕਾਸ ਕਾਰਜਾਂ ਦੇ ਉਦਘਾਟਨ



ਮੰਡੀ ਗੋਬਿੰਦਗੜ੍ਹ, 24 ਮਈ (ਸੂਦ): ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਮੰਡੀ ਗੋਬਿੰਦਗੜ੍ਹ ਵਿਚ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕਿਹਾ ਹੈ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਸਥਾਈ ਹੱਲ ਲਈ ਚਲਾਈ ਗਈ 'ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ' ਆਪਣੇ ਟੀਚੇ ਨੂੰ ਸਾਕਾਰ ਕਰਨ ਵਿੱਚ ਕਾਮਯਾਬ ਹੋਈ ਹੈ। ਉਹਨਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਇੱਕ ਸ਼ਾਨਦਾਰ ਉਪਰਾਲਾ ਹੈ, ਜਿਸ ਵਿੱਚ ਹਲਕਾ ਵਿਧਾਇਕ ਸਿੱਧੇ ਤੌਰ 'ਤੇ ਜਾ ਕੇ ਵਿਦਿਆਰਥੀ ਅਤੇ ਅਧਿਆਪਕਾਂ ਤੋਂ ਉਹਨਾਂ ਦੀਆਂ ਸਕੂਲਾਂ ਨਾਲ ਸਬੰਧਤ ਜ਼ਰੂਰਤਾਂ ਬਾਰੇ ਜ਼ਮੀਨੀ ਪੱਧਰ 'ਤੇ ਜਾਣਕਾਰੀ ਹਾਸਲ ਕਰਕੇ ਮੁਸ਼ਕਲਾਂ ਨੂੰ ਦੂਰ ਕਰਦੇ ਹਨ, ਜਦੋਂ ਕਿ ਪਿਛਲੀਆਂ ਸਰਕਾਰਾਂ ਨੇ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਵਾ ਤਿੰਨ ਸਾਲਾਂ ਤੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਬੇਮਿਸਾਲ ਸੁਧਾਰ ਹੋਏ ਹਨ। ਇਸ ਮੌਕੇ ਉਨ੍ਹਾਂ ਹੋਣਹਾਰ ਵਿਦਿਆਰਥੀ ਅਤੇ ਅਧਿਆਪਕਾਂ ਦਾ ਸਨਮਾਨ ਵੀ ਕੀਤਾ। ਸਮਾਗਮ ਵਿਚ ਟਰਾਂਸਪੋਰਟ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਸ਼ਿੰਗਾਰਾ ਸਿੰਘ ਸਲਾਣਾ, ਮਾਰਕੀਟ ਕਮੇਟੀ ਦੇ ਚੇਅਰਮੈਨ ਜਗਦੀਪ ਸਿੰਘ ਚੱਠਾ, ਹਰਜੀਤ ਸਿੰਘ ਗਰੇਵਾਲ, ਸਰਬਜੀਤ ਸਿੰਘ ਗੁਰਮ, ਰੋਹਿਤ ਗੋਇਲ, ਪ੍ਰਿੰਸੀਪਲ ਸਿਕੰਦਰ ਸਿੰਘ ਗਿੱਲ, ਗੁਰਪ੍ਰੀਤ ਸਿੰਘ ਬੜਿੰਗ, ਜਗਜੀਵਨ ਸਿੰਘ ਔਲਖ, ਜਿਲਾ ਪ੍ਰਧਾਨ ਭੁਪਿੰਦਰ ਸਿੰਘ ਮਿੰਟੂ, ਤੇਜਵੰਤ ਸਿੰਘ ਸਰਪੰਚ ਤਲਵਾੜਾ, ਰਾਜ ਸਿੰਘ ਸਰਪੰਚ ਜੱਸੜਾ, ਮੁਹੰਮਦ ਸਲਮਾਨ ਪ੍ਰਧਾਨ ਘੱਟ ਗਿਣਤੀ ਵਿੰਗ ਹਲਕਾ ਅਮਲੋਹ, ਚੇਅਰਮੈਨ ਅਜੈ ਲਿਬੜਾ, ਸਲੀਮ ਮੁਹੰਮਦ, ਜੱਸੀ ਧੀਮਾਨ, ਗੁਰਮੀਤ ਸਿੰਘ ਤੇ ਗੁਰਿੰਦਰ ਸਿੰਘ ਗੋਨੀ ਆਦਿ ਹਾਜ਼ਰ ਸਨ।

# ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਲੋਕਾਂ ਦਾ ਪੂਰਨ ਸਹਿਯੋਗ ਮਿਲ ਰਿਹੈ: ਵਿਧਾਇਕ ਦਹੀਯਾ



ਫ਼ਿਰੋਜ਼ਪੁਰ, 24 ਮਈ (ਤਿਵਾੜੀ): ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਅਤੇ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਸਿਹਤਮੰਦ ਪੰਜਾਬ ਬਣਾਉਣ ਲਈ ਵਿੱਢੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ ਸਫਲ ਬਣਾਉਣ ਲਈ ਲੋਕਾਂ ਦਾ ਪੂਰਨ ਸਹਿਯੋਗ ਮਿਲ ਰਿਹਾ ਹੈ, ਜਿਸ ਕਰਕੇ ਇਹ ਮੁਹਿੰਮ ਹੁਣ ਦਿਨ ਪ੍ਰਤੀ ਦਿਨ ਕਾਮਯਾਬ ਹੋ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਫਿਰੋਜ਼ਪੁਰ ਦਿਹਾਤੀ ਸ਼੍ਰੀ ਰਜਨੀਸ਼ ਕੁਮਾਰ ਦਹੀਯਾ ਵੱਲੋਂ ਹਲਕੇ ਦੇ ਪਿੰਡ ਭੰਬਾ ਹਾਜ਼ੀ, ਚੱਕ ਰੁਹੇਲਾ ਹਾਜ਼ੀ ਤੇ ਸੁੰਦਰ ਵਾਲੇ ਝੁੱਗੇ ਵਿਖੇ ਕਰਵਾਏ ਗਏ ਵੱਖ ਵੱਖ ਸਮਾਗਮਾਂ ਵਿਚ ਸ਼ਿਰਕਤ ਕਰਨ ਸਮੇਂ ਕੀਤਾ ਗਿਆ। ਇਸ ਮੌਕੇ ਵਿਧਾਇਕ ਦਹੀਯਾ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਸੂਬਾ ਸਰਕਾਰ ਦੀ ਇਹ ਅਜਿਹੀ ਪਹਿਲ ਕਦਮੀ ਹੈ, ਜਿਸ ਰਾਹੀਂ ਲੋਕਾਂ ਨਾਲ ਸਿੱਧਾ ਰਾਬਤਾ ਰੱਖਿਆ ਜਾ ਰਿਹਾ ਹੈ ਅਤੇ ਇਸ ਨਾਲ ਸੂਬੇ ਵਿਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਕਰਨ ਵਿੱਚ ਵੱਡੇ ਪੱਧਰ ਉੱਤੇ ਮਦਦ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਜਿਥੇ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕਰਕੇ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਤੌਰ 'ਤੇ ਖਾਤਮਾ ਕਰ ਰਹੀ ਹੈ, ਉੱਥੇ ਹੀ ਨਸ਼ਿਆਂ ਦੀ ਗ੍ਰਿਫਤ ਵਿੱਚ ਫਸੇ ਨੌਜਵਾਨਾਂ ਦਾ ਨਸ਼ਾ ਵੀ ਛੁਡਵਾ ਰਹੀ, ਤਾਂ ਜੋ ਉਹ ਸਮਾਜ ਵਿੱਚ ਬਿਹਤਰ ਜ਼ਿੰਦਗੀ ਬਤੀਤ ਕਰ ਸਕਣ ਅਤੇ ਪੰਜਾਬ ਨੂੰ ਮੁੜ ਤੋਂ ਸਿਹਤਮੰਦ ਪੰਜਾਬ ਬਣਾਇਆ ਜਾ ਸਕੇ। ਇਸ ਮੌਕੇ ਪ੍ਰਸ਼ਾਸਨਿਕ ਅਧਿਕਾਰੀਆਂ, ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ/ਵਰਕਰਾਂ, ਪਿੰਡਾਂ ਦੇ ਸਰਪੰਚਾਂ, ਪੰਚਾਂ, ਗਰਾਮ ਸੁਰੱਖਿਆ ਕਮੇਟੀਆਂ ਦੇ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕ ਹਾਜ਼ਰ ਸਨ।

# ਵਿਧਾਇਕ ਭੁੱਲਰ ਨੇ ਨਸ਼ਾ ਮੁਕਤੀ ਯਾਤਰਾ ਤਹਿਤ ਵੱਖ-ਵੱਖ ਪਿੰਡਾਂ 'ਚ ਕੀਤਾ ਸਮਾਗਮਾਂ ਨੂੰ ਸੰਬੋਧਨ



ਫ਼ਿਰੋਜ਼ਪੁਰ, 24 ਮਈ (ਤਿਵਾੜੀ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿਮ ਤਹਿਤ ਵਿਧਾਨ ਸਭਾ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਦੇ ਪਿੰਡਾਂ ਵਿੱਚ ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਲਗਾਤਾਰ ਨਸ਼ਾ ਮੁਕਤੀ ਯਾਤਰਾਵਾਂ ਕੀਤੀਆਂ ਜਾ ਰਹੀਆਂ ਹਨ ਤੇ ਜਾਗਰੂਕਤਾ ਸਭਾਵਾਂ ਆਯੋਜਿਤ ਕਰਕੇ ਲੋਕਾਂ ਨੂੰ ਨਸ਼ਿਆਂ ਖਿਲਾਫ਼ ਪ੍ਰੇਰਿਤ ਕੀਤਾ ਜਾ ਰਿਹਾ ਹੈ। ਨਸ਼ਾ ਮੁਕਤੀ ਯਾਤਰਾ ਤਹਿਤ ਹੋ ਰਹੀਆਂ ਇਨ੍ਹਾਂ ਜਾਗਰੂਕਤਾ ਸਭਾਵਾਂ ਦੀ ਲੜੀ ਵਿੱਚ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਪਿੰਡ ਖਿਲਚੀ ਕਦੀਮ ਤੇ ਸੂਬਾ ਕਾਹਨ ਚੰਦ ਵਿੱਚ ਭਰਵੇਂ ਇਕੱਠਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਜਿਹੀ ਸਮਾਜਿਕ ਬੁਰਾਈ ਦਾ ਮੁਕੰਮਲ ਖਾਤਮਾ ਕਰਨ ਦਾ ਇਹ ਸਹੀ ਵੇਲਾ ਹੈ, ਜਿਸ ਨੂੰ ਪੰਜਾਬ ਸਰਕਾਰ ਦੀ ਰਹਿਨੁਮਾਈ ਹੇਠ ਸਾਰੇ ਲੋਕਾਂ ਦੇ ਸਹਿਯੋਗ ਨਾਲ ਨੇਪਰੇ ਚੜ੍ਹਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਨਸ਼ਾ ਤਸਕਰਾਂ ਖਿਲਾਫ ਕੀਤੀ ਜਾ ਰਹੀ ਮਿਸਾਲੀ ਕਾਰਵਾਈ ਦੀ ਲੋਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ। ਵਿਧਾਇਕ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ ਤਸਕਰਾਂ ਦਾ ਸਫਾਇਆ ਕਰਨ ਦੀ ਵਚਨਬੱਧਤਾ ਦੇ ਤਹਿਤ ਕਾਲੀ ਕਮਾਈ ਨਾਲ ਬਣਾਈਆਂ ਪ੍ਰਾਪਰਟੀਆਂ ਨੂੰ ਰੋਜ਼ਾਨਾ ਦੇ ਆਧਾਰ 'ਤੇ ਬੁਲਡੋਜ਼ਰ ਨਾਲ ਢਾਹਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਵਿੱਚ ਲੋਕਾਂ ਦੀ ਭਰਪੂਰ ਸ਼ਮੂਲੀਅਤ ਇਸ ਗੱਲ ਦੀ ਗਵਾਹੀ ਭਰਦੀ ਹੈ ਕਿ ਲੋਕ ਖੁਦ ਨਸ਼ਿਆਂ ਵਰਗੀ ਭੈੜੀ ਲਾਹਨਤ ਦਾ ਸਫਾਇਆ ਕਰਨ ਲਈ ਸਰਗਰਮ ਹਨ। ਇਸ ਮੌਕੇ ਪਿੰਡਾਂ ਦੇ ਨਿਵਾਸੀਆਂ ਨੇ ਨਸ਼ਾ ਨਾ ਕਰਨ ਦਾ ਪ੍ਰਣ ਵੀ ਕੀਤਾ। ਇਸ ਦੌਰਾਨ ਡਾ. ਅਮਨਦੀਪ ਕੌਰ ਗੋਸਲ (ਨਸ਼ਾ ਮੁਕਤੀ ਮੋਰਚਾ ਕੋਆਰਡੀਨੇਟਰ, ਫਿਰੋਜ਼ਪੁਰ ਸ਼ਹਿਰੀ), ਚੇਅਰਮੈਨ ਮਾਰਕਿਟ ਕਮੇਟੀ ਫ਼ਿਰੋਜ਼ਪੁਰ ਸ਼ਹਿਰ ਬਲਰਾਜ ਸਿੰਘ ਕਟੋਰਾ, ਬੀਡੀਪੀਓ ਸੁਖਵਿੰਦਰ ਕੌਰ, ਸ਼ਰਨਜੀਤ ਸਿੰਘ ਲਹਿਰੀ (ਬਲਾਕ ਪ੍ਰਧਾਨ), ਸੁਰਜੀਤ ਸਿੰਘ (ਬਲਾਕ ਪ੍ਰਧਾਨ), ਨੇਕ ਪ੍ਰਤਾਪ ਸਿੰਘ, ਗੁਰਜੀਤ ਸਿੰਘ ਚੀਮਾ, ਹਿਮਾਂਸ਼ੂ ਠੱਕਰ, ਮਨਪ੍ਰੀਤ ਸਿੰਘ ਚੀਮਾ, ਲਖਵਿੰਦਰ ਸਿੰਘ, ਰਾਜ ਕੁਮਾਰ (ਬਲਾਕ ਪ੍ਰਧਾਨ), ਦਲਬੀਰ ਸਿੰਘ ਸਰਪੰਚ (ਹਸਤੀ ਵਾਲਾ), ਪਰਗਟ ਸਿੰਘ ਮੱਲ ਆਦਿ ਸਮੇਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਦੌਰਾਨ ਮੁਫ਼ਤ ਮੈਡੀਕਲ ਕੈਂਪ ਲਈ ਜੱਥਾ ਹੋਇਆ ਰਵਾਨਾ



ਮੰਡੀ ਗੋਬਿੰਦਗੜ੍ਹ, 24 ਮਈ (ਸੂਦ): ਗੁਰਦੁਆਰਾ ਸ਼੍ਰੀ ਹੇਮਕੁੰਟ ਸਾਹਿਬ ਦੇ ਨੇੜੇ ਅਜੇ ਵੀ ਬਹੁਤ ਸਾਰੀ ਬਰਫ਼ ਹੈ, ਇੱਥੇ ਮੁੱਖ ਦਰਵਾਜ਼ਾ ਖੋਲ੍ਹ ਦਿੱਤਾ ਹੈ ਅਤੇ ਫ਼ੌਜ ਦੇ ਜਵਾਨ ਹਾਲੇ ਵੀ ਗੁਰਦੁਆਰੇ ਦੇ ਆਲੇ-ਦੁਆਲੇ ਦੀ ਬਰਫ਼ ਹਟਾਉਣ ਦਾ ਕੰਮ ਕਰ ਰਹੇ ਹਨ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਇਹ ਪਵਿੱਤਰ ਯਾਤਰਾ ਵੀ ਸ਼ੁਰੂ ਹੋ ਗਈ ਹੈ ਅਤੇ ਲੱਖਾਂ ਦੀ ਗਿਣਤੀ ਵਿਚ ਸੰਗਤ ਹਰ ਸਾਲ ਇਸ ਪਵਿੱਤਰ ਸਥਾਨ 'ਤੇ ਨਤਮਸਤਕ ਹੋਣ ਲਈ ਆਉਂਦੀ ਹੈ। ਸੰਗਤ ਦੀ ਸੇਵਾ ਲਈ ਸ਼੍ਰੀ ਹੇਮਕੁੰਟ ਸਾਹਿਬ ਸੇਵਾ ਸਿਮਰਨ ਸੁਸਾਇਟੀ (ਰਜਿ.) ਵੱਲੋਂ ਫ਼ਰੀ ਮੈਡੀਕਲ ਕੈਂਪ ਲਗਾਇਆ ਜਾਂਦਾ ਹੈ। ਇਸ ਸਾਲ ਵੀ 19ਵਾਂ ਫ਼ਰੀ ਮੈਡੀਕਲ ਕੈਂਪ ਲਗਾਉਣ ਲਈ ਪੰਜਾਬ ਤੋਂ ਜਥਾ ਰਵਾਨਾ ਹੋਇਆ ਜਿਸ ਵਲੋਂ ਗੋਬਿੰਦ ਘਾਟ ਤੋਂ 8 ਕਿਲੋਮੀਟਰ ਉੱਪਰ ਪੈਦਲ ਰਸਤੇ ਵਿਚਕਾਰ ਹਰ ਸਾਲ ਫ਼ਰੀ ਮੈਡੀਕਲ ਕੈਂਪ ਲਗਾਇਆ ਜਾਂਦਾ ਹੈ, ਜਿਥੇ ਯਾਤਰਾ ਦੌਰਾਨ ਲੋੜੀਂਦੀ ਹਰ ਤਰ੍ਹਾਂ ਦੀ ਦਵਾਈ ਅਤੇ ਚੈਕਅੱਪ ਕੀਤਾ ਜਾਂਦਾ ਹੈ। ਸੁਸਾਇਟੀ ਦੇ ਮੈਂਬਰਾਂ ਨੇ ਦੱਸਿਆ ਕਿ ਕੈਂਪ ਵਿੱਚ ਦਵਾਈਆਂ ਦੇ ਨਾਲ ਨਾਲ ਲੰਗਰ ਦਾ ਵੀ ਪ੍ਰਬੰਧ ਹੁੰਦਾ ਹੈ। ਯਾਤਰਾ 'ਤੇ ਆਉਣ ਵਾਲੀ ਸੰਗਤ ਇਸ ਕੈਂਪ ਦਾ ਲਾਭ ਲੈ ਸਕਦੀ ਹੈ। ਇਸ ਕੈਂਪ ਦੀ ਸੇਵਾ ਸ਼੍ਰੀ ਫ਼ਤਹਿਗੜ੍ਹ ਸਾਹਿਬ, ਪਾਤੜਾਂ, ਲੁਧਿਆਣਾ, ਪਟਿਆਲਾ, ਬਟਾਲਾ, ਵੇਰਕਾ, ਗੋਨਿਆਣਾ ਮੰਡੀ, ਸਮਾਣਾ ਤੇ ਅਮਰਗੜ੍ਹ ਦੀ ਸੰਗਤ ਵੱਲੋਂ ਮਿਲ ਕੇ ਨਿਭਾਈ ਜਾਂਦੀ ਹੈ। ਕੈਂਪ ਲਈ ਪਹਿਲੇ ਜਥੇ ਨੂੰ ਰਵਾਨਾ ਕਰਨ ਮੌਕੇ ਕੁਲਵਿੰਦਰ ਸਿੰਘ ਸੋਮਲ, ਜਸਮੀਤ ਸਿੰਘ, ਜਗਜੀਤ ਸਿੰਘ, ਰਾਜੂ ਪਟਿਆਲਾ, ਇੰਦਰਪਾਲ ਸਿੰਘ, ਜੈਦੀਪ ਸਿੰਘ, ਸੁਸਾਇਟੀ ਦੇ ਮੈਂਬਰ, ਡਾਕਟਰੀ ਟੀਮਾਂ ਤੇ ਸਥਾਨਕ ਵਿਅਕਤੀ ਹਾਜ਼ਰ ਸਨ।

# ਨਸ਼ੇ ਦੇ ਨਾਮ 'ਤੇ ਪਿੰਡ ਨੂੰ ਬਦਨਾਮ ਕਰਨ ਦੇ ਰੋਸ ਵੱਜੋਂ ਸਰਪੰਚ ਸਮੇਤ ਪਿੰਡ ਵਾਸੀਆਂ ਵੱਲੋਂ ਇਕੱਠ

## ☛ ਜੇ ਕੋਈ ਨਸ਼ਾ ਵੇਚਦਾ ਹੈ ਤਾਂ ਉਸ ਦੀ ਵੀਡੀਓ ਬਣਾ ਕੇ ਦਿਓ, ਅਸੀਂ ਕਰਾਂਗੇ ਕਾਰਵਾਈ: ਤਰਸੇਮ ਸਿੰਘ



ਕੋਟ ਈਸੇ ਖਾਂ, 24 ਮਈ (ਗਾਂਧੀ/ਖੁਰਾਣਾ): ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਕਸਬਾ ਕੋਟ ਈਸੇ ਖਾਂ ਦੇ ਨਾਲ ਲੱਗਦੇ ਪਿੰਡ ਰੰਡਿਆਲਾ ਵਿਖੇ ਬੀਤੇ ਦਿਨੀਂ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਇੱਕ ਪ੍ਰੋਗਰਾਮ ਵਿੱਚ ਪਿੰਡ ਵਾਸੀਆਂ ਨੂੰ ਨਸ਼ਾ ਨਾ ਵੇਚਣ ਅਤੇ ਨਾ ਕਰਨ ਦੇ ਸਬੰਧ ਵਿੱਚ ਸਹੁੰ ਚੁਕਾਈ ਗਈ ਸੀ। ਜਿਸ 'ਤੇ ਪਿੰਡ ਦੇ ਕੁਝ ਲੋਕਾਂ ਵੱਲੋਂ ਇਤਰਾਜ਼ ਜਤਾਇਆ ਗਿਆ ਕਿ ਹਲਕਾ ਵਿਧਾਇਕ ਵੱਲੋਂ ਸਾਨੂੰ ਸਹੁੰ ਕਿਉਂ ਚੁਕਾਈ ਗਈ ਹੈ ਜੇ ਉਹਨਾਂ ਨੇ ਸਹੁੰ ਚੁਕਾਉਣੀ ਹੈ ਤਾਂ ਉਹ ਆਪ ਚੁੱਕਣ ਜਾਂ ਫਿਰ ਪ੍ਰਸ਼ਾਸਨ ਸਹੁੰ ਚੁੱਕੇ। ਜਿਸ ਸਬੰਧੀ ਉਹਨਾਂ ਵੱਲੋਂ ਇੱਕ ਵੈਬ ਚੈਨਲ ਨੂੰ ਇੰਟਰਵਿਊ ਵੀ ਦਿੱਤੀ ਗਈ ਜਿਸ ਵਿੱਚ ਉਹਨਾਂ ਵੱਲੋਂ ਕਿਹਾ ਗਿਆ ਸਹੁੰਆਂ ਦਾ ਕੀ ਫ਼ਾਇਦਾ ਨਸ਼ਾ ਤਾਂ ਆਮ ਵਿਕਦਾ ਹੈ। ਜਿਸ ਦੇ ਰੋਸ ਵਜੋਂ ਪਿੰਡ ਰੰਡਿਆਲਾ ਦੇ ਸਰਪੰਚ ਤਰਸੇਮ ਸਿੰਘ ਦੀ ਅਗਵਾਈ ਵਿੱਚ ਪਿੰਡ ਦੀ ਪੰਚਾਇਤ ਦੇ ਨਾਲ ਬਹੁਤ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਪਿੰਡ 'ਚ ਇਕੱਠ ਕੀਤਾ ਅਤੇ ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਹੋਇਆਂ ਉਹਨਾਂ ਕਿਹਾ ਕਿ ਦੋ ਤਿੰਨ ਲੋਕਾਂ ਵੱਲੋਂ ਨਸ਼ੇ ਦੇ ਨਾਮ 'ਤੇ ਸਾਡੇ ਪਿੰਡ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਮੌਕੇ ਸਰਪੰਚ ਤਰਸੇਮ ਸਿੰਘ ਨੇ ਕਿਹਾ ਕਿ ਸਾਡੇ ਪਿੰਡ ਵਿੱਚ ਇੱਕ ਬੰਦਾ ਵੀ ਨਸ਼ਾ ਨਹੀਂ ਵੇਚਦਾ, ਜਿਹੜੇ ਦੋ ਤਿੰਨ ਬੰਦੇ ਇੱਥੇ ਨਸ਼ਾ ਕਰਨ ਦੇ ਆਦੀ ਸਨ ਉਹਨਾਂ ਨੂੰ ਵੀ ਪਿੰਡ ਦੀ ਪੰਚਾਇਤ ਵੱਲੋਂ ਆਪਣੇ ਖਰਚੇ ਉੱਪਰ ਉਹਨਾਂ ਦਾ ਇਲਾਜ ਕਰਵਾਇਆ ਜਾ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਜੋ ਨਸ਼ੇ ਦੀ ਓਵਰਡੋਜ਼ ਨਾਲ ਮੌਤ ਦੀ ਗੱਲ ਉਹ ਲੋਕ ਕਰ ਰਹੇ ਹਨ ਉਸ ਨੌਜਵਾਨ ਦੀ ਮੌਤ ਐਕਸੀਡੈਂਟ ਨਾਲ ਹੋਈ ਹੈ ਨਾ ਕਿ ਨਸ਼ੇ ਦੀ ਓਵਰਡੋਜ਼ ਨਾਲ। ਉਹਨਾਂ ਅੱਗੇ ਕਿਹਾ ਕਿ ਉਹਨਾਂ ਲੋਕਾਂ ਵੱਲੋਂ ਲਗਾਏ ਗਏ ਇਹ ਵੀ ਦੋਸ਼ ਬੇ-ਬੁਨਿਆਦ ਹਨ ਕਿ ਜਿਸ ਦਿਨ ਹਲਕਾ ਵਿਧਾਇਕ ਪਿੰਡ ਵਿੱਚ ਆਏ ਸਨ, ਉਸ ਦਿਨ ਸਿਰਫ ਆਮ ਆਦਮੀ ਪਾਰਟੀ ਦੇ ਵਰਕਰ ਹੀ ਸਨ, ਜਿਨ੍ਹਾਂ ਨੂੰ ਸਹੁੰ ਚੁਕਾਈ ਗਈ ਜਦਕਿ ਸੱਚਾਈ ਇਹ ਹੈ ਕਿ ਉਸ ਦਿਨ ਪੂਰਾ ਪਿੰਡ ਉੱਥੇ ਮੌਜੂਦ ਸੀ, ਸਿਰਫ ਉਹ ਦੋ ਤਿੰਨ ਵਿਅਕਤੀ ਹੀ ਨਹੀਂ ਸਨ। ਉਹਨਾਂ ਅੱਗੇ ਕਿਹਾ ਕਿ ਜੇਕਰ ਪਿੰਡ ਦੇ ਵਿੱਚ ਕੋਈ ਇੱਕ ਵਿਅਕਤੀ ਵੀ ਨਸ਼ਾ ਵੇਚਦਾ ਹੈ ਤਾਂ ਉਸ ਦੀ ਵੀਡੀਓ ਬਣਾ ਕੇ ਸਾਨੂੰ ਦਿਓ ਅਸੀਂ ਉਸ ਉੱਪਰ ਕਾਰਵਾਈ ਕਰਕੇ ਵਿਖਾਵਾਂਗੇ ਪਰ ਪਿੰਡ ਨੂੰ ਬਦਨਾਮ ਕਰਨ ਦੀਆਂ ਕੋਝੀਆਂ ਹਰਕਤਾਂ ਨੂੰ ਕਾਮਯਾਬ ਨਹੀਂ ਹੋਣ ਦੇਵਾਂਗੇ। ਉਹਨਾਂ ਅੱਗੇ ਕਿਹਾ ਕਿ ਨਸ਼ੇ ਦੇ ਮੁੱਦੇ 'ਤੇ ਹਲਕਾ ਵਿਧਾਇਕ ਦੀ ਅਗਵਾਈ 'ਚ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਜਾ ਰਹੀ ਹੈ। ਉਹਨਾਂ ਅੱਗੇ ਕਿਹਾ ਕਿ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਵਿੱਚ ਨਸ਼ੇ ਵਿਰੁੱਧ ਹਲਕੇ ਵਿੱਚ ਬਹੁਤ ਕੰਮ ਹੋ ਰਿਹਾ ਹੈ ਅਤੇ ਸਾਡਾ ਪਿੰਡ ਬਿਲਕੁਲ ਨਸ਼ਾ ਮੁਕਤ ਹੈ। ਇਸ ਮੌਕੇ ਉਹਨਾਂ ਦੇ ਨਾਲ ਮੁੱਚਰ ਰੰਡਿਆਲਾ, ਬਲਜਿੰਦਰ ਸਿੰਘ, ਸੁਰਿੰਦਰ ਲਾਡੀ, ਲਾਭ ਸਿੰਘ, ਜਗਮੀਤ ਸਿੰਘ, ਗੋਪੀ ਦਾਤੇਵਾਲ ਤੋਂ ਇਲਾਵਾ ਬਹੁਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

# ਸਰਹੱਦ 'ਤੇ ਕੰਡਿਆਲੀ ਤਾਰ ਦੇ ਨਾਲ ਖੇਤੀ ਦੌਰਾਨ ਕਿਸਾਨਾਂ ਦੀ ਪੂਰੀ ਸੁਰੱਖਿਆ ਹੋਵੇਗੀ: ਕਮਾਂਡੈਂਟ ਪ੍ਰਿਥਵੀ ਸਿੰਘ



ਫਾਜ਼ਿਲਕਾ, 24 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸੀਮਾ ਸੁਰੱਖਿਆ ਬਲ ਦੀ 160ਵੀਂ ਬਟਾਲੀਅਨ ਵਿੱਚ ਮੇਘਾਲਿਆ ਤੋਂ ਤਬਦੀਲ ਹੋਏ ਬੀਐਸਐਫ ਕਮਾਂਡੈਂਟ ਪ੍ਰਿਥਵੀ ਸਿੰਘ ਦਾ ਬਾਰਡਰ ਏਰੀਆ ਵਿਕਾਸ ਫਰੰਟ, ਸ਼ਹਿਰ ਦੀਆਂ ਉੱਘੀਆਂ ਸ਼ਖਸੀਅਤਾਂ ਅਤੇ ਪ੍ਰੈਸ ਕਲੱਬ ਦੇ ਅਹੁਦੇਦਾਰਾਂ ਵੱਲੋਂ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਮਾਂਡੈਂਟ ਪ੍ਰਿਥਵੀ ਸਿੰਘ ਨੇ ਕਿਹਾ ਕਿ ਸਰਹੱਦ 'ਤੇ ਖੜ੍ਹੇ ਬੀਐਸਐਫ ਦੇ ਜਵਾਨ ਦੇਸ਼ ਦੀ ਸੇਵਾ ਵਿੱਚ ਲੱਗੇ ਹੋਏ ਹਨ। ਇਸ ਦੇ ਨਾਲ ਹੀ, ਅਸੀਂ ਪਹਿਲਾਂ ਵਾਂਗ ਸਰਹੱਦੀ ਪਿੰਡ ਵਾਸੀਆਂ ਨਾਲ ਭਾਈਚਾਰਾ ਬਣਾਈ ਰੱਖਾਂਗੇ। ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਵਿੱਚ, ਬੀਐਸਐਫ ਨੇ ਦੁਸ਼ਮਣਾਂ ਨੂੰ ਧੂਲ ਚਟਾਈ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੇ ਮਨਸੂਬਿਆਂ ਨੂੰ ਸਫਲ ਨਹੀਂ ਹੋਣ ਦਿੱਤਾ ਜਾਵੇਗਾ, ਇਸ ਲਈ ਸਰਹੱਦੀ ਖੇਤਰਾਂ ਦੇ ਲੋਕਾਂ ਨੂੰ ਸਹਿਯੋਗ ਬਣਾਈ ਰੱਖਣਾ ਚਾਹੀਦਾ ਹੈ। ਪ੍ਰਿਥਵੀ ਸਿੰਘ ਨੇ ਕਿਹਾ ਕਿ ਬੀਐਸਐਫ ਦੇ ਆਈਜੀ ਪੰਜਾਬ ਫਰੰਟੀਅਰ ਤੋਂ ਪ੍ਰਾਪਤ ਹੁਕਮਾਂ ਅਨੁਸਾਰ, ਸਰਹੱਦ 'ਤੇ ਕੰਡਿਆਲੀ ਤਾਰ ਦੇ ਪਾਰ ਝੋਨੇ ਦੀ ਫਸਲ ਦੀ ਬਿਜਾਈ ਲਈ ਸਵੇਰੇ 8:00 ਵਜੇ ਤੋਂ ਸ਼ਾਮ 5:00 ਵਜੇ ਤੱਕ ਗੇਟ ਖੋਲ੍ਹੇ ਗਏ ਸਨ। ਇਸ ਸਮੇਂ ਦੌਰਾਨ, ਕਿਸਾਨ ਬੀਐਸਐਫ ਦੀ ਸੁਰੱਖਿਆ ਹੇਠ ਖੇਤੀ ਕਰ ਸਕਦੇ ਹਨ।

# ਸਰਕਾਰੀ ਸਕੂਲ ਦੇ ਅਧਿਆਪਕ ਦੀ ਬੇਟੀ ਨੇ ਸਰਕਾਰੀ ਸਕੂਲ 'ਚ ਪੜ੍ਹ ਕੇ ਮਾਰੀਆਂ ਮੱਲ੍ਹਾਂ

## ☛ ਪ੍ਰਿੰਸੀਪਲ ਵੱਲੋਂ ਟਰਾਫੀ ਤੇ 5100ਰੁ. ਨਾਲ ਸਨਮਾਨ



ਅਮਲੋਹ, 24 ਮਈ (ਜਸਵੰਤ ਸਿੰਘ): ਸਕੂਲ ਆਫ ਐਮੀਨੈਂਸ ਅਮਲੋਹ ਦੀ ਦਸਵੀਂ ਜਮਾਤ ਵਿੱਚੋਂ ਮੈਰਿਟ ਵਿੱਚ ਆਉਣ ਵਾਲੀ ਲਕਸ਼ਿਤਾ ਗੁਪਤਾ ਦਾ ਸਨਮਾਨ ਕੀਤਾ ਗਿਆ। ਪ੍ਰਿੰਸੀਪਲ ਇਕਬਾਲ ਸਿੰਘ ਨੇ ਆਪਣੀ ਜੇਬ ਵਿੱਚੋਂ 5100 ਰੁਪਏ ਤੇ ਟਰਾਫੀ ਭੇਟ ਕਰਦਿਆਂ ਵਧਾਈ ਦਿੰਦਿਆਂ ਖੁਸ਼ੀ ਪ੍ਰਗਟ ਕੀਤੀ ਕਿ ਇਸ ਵਿਦਿਆਰਥਣ ਨੇ 650 ਵਿੱਚੋਂ 635 ਅੰਕ ਪ੍ਰਾਪਤ ਕਰਕੇ ਪੰਜਾਬ ਵਿਚੋਂ 15ਵਾਂ ਰੈਂਕ ਪ੍ਰਾਪਤ ਕੀਤਾ। ਉਹਨਾਂ ਕਿਹਾ ਕਿ ਇਸ ਵਿਦਿਆਰਥਣ ਨੇ ਆਪਣੇ ਮਾਪਿਆਂ, ਅਧਿਆਪਕਾਂ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਡੀਪੀਈ ਦਵਿੰਦਰ ਸਿੰਘ ਰਹਿਲ ਨੇ ਕਿਹਾ ਕਿ ਸਰਕਾਰੀ ਸਕੂਲ ਦੇ ਅਧਿਆਪਕ ਦੀ ਬੇਟੀ ਨੇ ਸਰਕਾਰੀ ਸਕੂਲ ਵਿੱਚ ਪੜ੍ਹ ਕੇ ਵੱਡੀਆਂ ਮੱਲਾਂ ਮਾਰੀਆਂ ਹਨ। ਜਮਾਤ ਇੰਚਾਰਜ ਹਰਮਿੰਦਰ ਕੌਰ ਨੇ ਕਿਹਾ ਕਿ ਲਕਸ਼ਿਤਾ ਗੁਪਤਾ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਬਣੀ। ਇਸ ਮੌਕੇ ਰਿਟ. ਲੈਕਚਰਾਰ ਲਕਸ਼ਿਤਾ ਦੇ ਦਾਦਾ ਸੁਭਾਸ਼ ਚੰਦ ਗੁਪਤਾ, ਰਿਟ. ਮਾਸਟਰ ਅੱਛਰ ਦੇਵ, ਪਿਤਾ ਗਗਨਦੀਪ ਗੁਪਤਾ, ਮਾਤਾ ਅਧਿਆਪਕਾ ਨੰਨੂ ਗੁਪਤਾ, ਛੋਟੀ ਭੈਣ ਬਾਣੀ ਗੁਪਤਾ, ਭਰਾ ਰਾਧਿਕ ਅਤੇ ਸਕੂਲ ਦਾ ਸਟਾਫ ਮੌਜੂਦ ਸੀ।

# ਸਿੱਖਿਆ ਮੰਤਰੀ ਦੇ ਹਲਕੇ 'ਚ ਅੱਜ ਦੇ ਵਿਸ਼ਾਲ ਝੰਡੇ ਮਾਰਚ ਦੀ ਤਿਆਰੀ ਮੁਕੰਮਲ : ਅਧਿਆਪਕ ਆਗੂ



ਅਮਲੋਹ, 24 ਮਈ (ਜਸਵੰਤ ਸਿੰਘ): ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਸੱਦੇ 'ਤੇ ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਲੰਮੇ ਸਮੇਂ ਤੋਂ ਅਧਿਆਪਕਾਂ ਦੇ ਅਹਿਮ ਮਸਲੇ ਅਤੇ ਮੰਗਾਂ ਸਬੰਧੀ ਕੋਈ ਧਿਆਨ ਨਹੀਂ ਦਿੱਤਾ ਗਿਆ। ਗੌਰਮਿੰਟ ਟੀਚਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜ਼ਿਲ੍ਹਾ ਜਨਰਲ ਸਕੱਤਰ ਰਾਜੇਸ਼ ਕੁਮਰ ਅਮਲੋਹ ਅਤੇ ਜਗਤਾਰ ਸਿੰਘ ਫੈਜੁੱਲਾਪੁਰ ਨੇ ਸਾਂਝੇ ਰੂਪ ਵਿੱਚ ਦੱਸਿਆ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਦਾ ਉਜਾੜਾ ਕਰਨ 'ਤੇ ਤੁਰੀ ਹੋਈ ਹੈ। ਸਿੱਖਿਆ ਕ੍ਰਾਂਤੀ ਦੇ ਨਾਮ 'ਤੇ ਸਰਕਾਰ ਵੱਲੋਂ ਐਲਾਨੀ ਰਕਮ ਅਜੇ ਤੱਕ ਸਕੂਲ ਖਾਤਿਆਂ ਵਿੱਚ ਜਮਾਂ ਨਹੀਂ ਕੀਤੀ ਗਈ। ਅਧਿਆਪਕਾਂ 'ਤੇ ਨਵੇਂ ਦਾਖਲਿਆਂ ਸਬੰਧੀ ਬੇਲੋੜਾ ਦਬਾਅ ਪਾਇਆ ਜਾ ਰਿਹਾ ਹੈ ਜਦ ਕਿ ਦਾਖਲਿਆਂ ਦੇ ਸਮੇਂ ਵਿੱਚ ਅਧਿਆਪਕਾਂ ਨੂੰ ਸਿੱਖਿਆ ਕ੍ਰਾਂਤੀ ਵੱਲ ਉਲਝਾਈ ਰੱਖਿਆ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੇ ਮਸਲਿਆਂ ਦੀ ਅਣਦੇਖੀ ਕਰਨ, ਤਨਖਾਹ ਦੁਹਰਾਈ, ਬਕਾਏ ਮਹਿੰਗਾਈ ਭੱਤੇ ਅਤੇ ਪੇਂਡੂ ਭੱਤੇ ਸਮੇਤ ਸਮੁੱਚੇ ਭੱਤੇ ਰੋਲਣ, ਸਿੱਖਿਆ ਕ੍ਰਾਂਤੀ ਦੇ ਝੂਠੇ ਸਰਕਾਰੀ ਡਰਾਮੇ ਕਰਨ, ਹੱਕ ਮੰਗਦੇ ਬੇਰੁਜ਼ਗਾਰ ਅਧਿਆਪਕਾਂ 'ਤੇ ਪੁਲਸੀਆ ਤਸ਼ੱਦਦ ਕਰਨ, ਸਿੱਖਿਆ ਨੀਤੀ 2020 ਰੱਦ ਨਾ ਕਰਨ ਵਿਰੁੱਧ ਜ਼ਿਲ੍ਹਾ ਪੱਧਰ ਉੱਤੇ ਸਿੱਖਿਆ ਮੰਤਰੀ ਦੀ ਅਰਥੀ ਫੂਕ ਮੁਜ਼ਾਹਰਾ ਕੀਤਾ ਸੀ। ਉਨ੍ਹਾਂ ਕਿਹਾ ਕਿ ਸਿੱਖਿਆ ਮੰਤਰੀ ਮੋਰਚੇ ਨੂੰ ਮੀਟਿੰਗ ਦਾ ਸਮਾਂ ਦੇ ਕੇ ਹਾਜ਼ਰ ਨਹੀਂ ਹੁੰਦਾ, ਅਜਿਹਾ ਇੱਕ ਵਾਰ ਨਹੀਂ ਹਰ ਵਾਰ ਹੁੰਦਾ ਹੈ। ਇਸ ਲਈ 25 ਮਈ ਨੂੰ ਸਿੱਖਿਆ ਮੰਤਰੀ ਦੇ ਹਲਕੇ ਵਿੱਚ ਸੂਬਾ ਪੱਧਰੀ ਵਿਸ਼ਾਲ ਝੰਡਾ ਮਾਰਚ ਕੀਤਾ ਜਾਵੇਗਾ। ਉਨ੍ਹਾਂ ਸਮੂਹ ਅਧਿਆਪਕਾਂ ਨੂੰ ਇਸ ਵਿਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਅਮਰਜੀਤ ਸਿੰਘ, ਸਤਿੰਦਰ ਸਿੰਘ, ਰਣਜੀਤ ਸਿੰਘ ਬਰਵਾਲੀ, ਰਾਜਿੰਦਰ ਸਿੰਘ ਰਾਜਨ, ਚਰਨਜੀਤ ਸਿੰਘ, ਗੁਰਮੀਤ ਸਿੰਘ, ਗਗਨਦੀਪ ਗੁਪਤਾ, ਪ੍ਰੇਮਜੀਤ ਸਿੰਘ ਅਤੇ ਸੁਖਵਿੰਦਰ ਸਿੰਘ ਮਾਜਰੀ ਆਦਿ ਹਾਜ਼ਰ ਸਨ।

# ਅੱਜ ਬੇਰੁਜ਼ਗਾਰ ਸਾਂਝਾ ਮੋਰਚਾ ਕਰੇਗਾ ਸਿੱਖਿਆ ਮੰਤਰੀ ਦੀ ਕੋਠੀ ਦਾ ਘਿਰਾਓ




ਸ੍ਰੀ ਅਨੰਦਪੁਰ ਸਾਹਿਬ, 24 ਮਈ (ਚ.ਨ.ਸ): ਸਿੱਖਿਆ ਵਿਭਾਗ ਵਿੱਚ ਭਰਤੀ ਕੈਲੰਡਰ ਲਾਗੂ ਕਰਨ ਤੇ ਸਿੱਖਿਆ/ ਸਿਹਤ ਵਿਭਾਗ ਵਿੱਚ ਇਨਕਲਾਬੀ ਬਦਲਾਅ ਲਿਆਉਣ ਦੇ ਦਾਅਵੇ ਕਰਕੇ ਸੱਤਾ ਉੱਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਨੇ ਤਿੰਨ ਸਾਲਾਂ ਵਿੱਚ ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਇੱਕ ਵੀ ਪੋਸਟ ਨਹੀਂ ਕੱਢੀ ਸਗੋਂ ਪਿਛਲੀ ਸਰਕਾਰ ਵੇਲੇ ਦੀਆਂ ਭਰਤੀਆਂ ਨੂੰ ਲਟਕਾਇਆ ਜਾ ਰਿਹਾ ਹੈ। ਇਸ ਦਾ ਪਰਦਾ ਚਾਕ ਕਰਨ ਲਈ ਯੁੱਧ ਬੇਰੁਜ਼ਗਾਰੀ ਵਿਰੁੱਧ ਤਹਿਤ ਬੇਰੁਜ਼ਗਾਰ ਸਾਂਝੇ ਮੋਰਚੇ ਵੱਲੋਂ 25 ਮਈ ਦਿਨ ਐਤਵਾਰ ਨੂੰ ਸਿੱਖਿਆ ਮੰਤਰੀ ਸ੍ਰ. ਹਰਜੋਤ ਬੈਂਸ ਦੀ ਪਿੰਡ ਗੰਭੀਰ ਪੁਰ ਵਿਖੇ ਕੋਠੀ ਦਾ ਘਿਰਾਓ ਕੀਤਾ ਜਾਵੇਗਾ। ਉਕਤ ਜਾਣਕਾਰੀ ਬੇਰੁਜ਼ਗਾਰ ਸਾਂਝੇ ਮੋਰਚੇ ਦੇ ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਜਸਵੰਤ ਘੁਬਾਇਆ, ਰਮਨ ਕੁਮਾਰ ਮਲੋਟ, ਹਰਜਿੰਦਰ ਸਿੰਘ ਝੁਨੀਰ ਅਤੇ ਹਰਜਿੰਦਰ ਸਿੰਘ ਬੁਢਲਾਡਾ ਨੇ ਸਾਂਝੇ ਤੌਰ ਉੱਤੇ ਦਿੱਤੀ। ਇਸ ਲਈ ਸਹਾਇਕ ਪ੍ਰੋਫੈਸਰ, ਲੈਕਚਰਾਰ, ਮਾਸਟਰ ਕੇਡਰ ਦੇ ਸਾਰੇ ਵਿਸ਼ਿਆਂ ਦੀਆਂ ਅਸਾਮੀਆਂ ਜਾਰੀ ਕਰਵਾਉਣ, ਮਾਸਟਰ ਕੇਡਰ ਵਿੱਚ ਥੋਪੀ ਬੇਤੁਕੀ ਸ਼ਰਤ 55 ਪ੍ਰਤੀਸ਼ਤ ਲਾਜ਼ਮੀ ਅੰਕ ਰੱਦ ਕਰਵਾਉਣ, ਆਰਟ ਐਂਡ ਕਰਾਫਟ ਦਾ ਲਿਖਤੀ ਪੇਪਰ ਤੁਰੰਤ ਕਰਵਾਉਣ ਤੇ ਮਲਟੀ ਪਰਪਜ਼ ਹੈਲਥ ਵਰਕਰ ਦੀਆਂ 270 ਪੋਸਟਾਂ ਵਿੱਚ ਉਮਰ ਹੱਦ ਛੋਟ ਜਾਰੀ ਕਰਵਾਉਣ ਲਈ ਸਿੱਖਿਆ ਮੰਤਰੀ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ।

# ਮਾਈ ਭਾਗੋ ਸੀਨੀਅਰ ਸੈਕੰਡਰੀ ਸਕੂਲ ਰੱਲਾ ਵਿਖੇ ‘ਵਿਸ਼ਵ ਹਾਈਪਰਟੈਂਸ਼ਨ ਦਿਵਸ’ ਮੌਕੇ ਸੈਮੀਨਾਰ



ਜੋਗਾ ਮਾਨਸਾ, 24 ਮਈ (ਵਿਰੋਂਦਰਪਾਲ ਮੰਤਰੋ): ਮਾਈ ਭਾਗੋ ਸੀਨੀਅਰ ਸੈਕੰਡਰੀ ਸਕੂਲ, ਰੱਲਾ ਅਕਾਦਮਿਕ ਖੇਤਰ ਵਿੱਚ ਬਿਹਤਰੀਨ ਨਤੀਜਿਆਂ ਤੋਂ ਇਲਾਵਾ ਸਾਹਿਤਕ ਅਤੇ ਕਲਾਤਮਿਕ ਖੇਤਰ ਵਿੱਚ ਇੱਕ ਉੱਭਰਦਾ ਨਾਮ ਹੈ। ਸੰਸਥਾ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵੱਖ ਵੱਖ ਤਰ੍ਹਾਂ ਤੇ ਪ੍ਰੋਗਰਾਮ ਕਰਵਾਏ ਜਾਂਦੇ ਹਨ ਜਿਨ੍ਹਾਂ ਵਿੱਚ ਸਾਹਿਤ, ਕਲਾ, ਸਿਹਤ, ਸਿੱਖਿਆ,ਸੱਭਿਆਚਾਰ ਅਤੇ ਸਮਾਜਿਕ ਪੱਖਾਂ ਨੂੰ ਕੇਂਦਰੀ ਵਿਸ਼ੇ ਵਜੋਂ ਉਭਾਰਿਆ ਜਾਂਦਾ ਹੈ ਬੀਤੇ ਦਿਨੀਂ ਇਸੇ ਲੜੀ ਵਿੱਚ ਪ੍ਰਿੰਸੀਪਲ ਸਵਿਤਾ ਕਾਠ ਦੀ ਰਹਿਨੁਮਾਈ ਹੇਠ ÷ਵਿਸ਼ਵ ਹਾਈਪਰਟੈਂਸਨ ਦਿਵਸ÷ ਮੌਕੇ ਸੈਮੀਨਾਰ ਆਯੋਜਿਤ ਕੀਤਾ ਗਿਆ। ਇਸ ਮੌਕੇ ਸਿਹਤ ਵਿਭਾਗ ਦੀ ਟੀਮ ਹੈਲਥ ਇੰਸਪੈਕਟਰ ਡਾ. ਜਗਦੀਸ਼ ਸਿੰਘ, ਡਾ ਰੌਬਿਨ, ਮੈਡਮ ਕਿਰਨਦੀਪ ਕੌਰ, ਕਰਮਜੀਤ ਕੌਰ, ਅਮਨਦੀਪ ਕੌਰ ਅਤੇ ਸੁਖਵਿੰਦਰ ਸਿੰਘ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਅਸਿ.ਪ੍ਰੋਫੈਸਰ ਸ਼ਰਨਜੀਤ ਸਿੰਘ ਨੇ ਅਜੋਕੇ ਸਮੇਂ ਵਿੱਚ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਸਬੰਧੀ ਚਾਨਣਾ ਪਾਇਆ ਅਤੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਇਸ ਮੌਕੇ ਹਾਈਪਰਟੈਂਸਨ ਵਿਸ਼ੇ ਤੇ ਗੱਲਬਾਤ ਕਰਦਿਆਂ ਡਾ. ਜਗਦੀਸ਼ ਸਿੰਘ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਮਾਡਰਨ ਜੀਵਨ ਸ਼ੈਲੀ ਨੇ ਸਮਾਜ ਅੰਦਰ ਅਜਿਹੀ ਦੌੜ ਪੈਦਾ ਕਰ ਦਿੱਤੀ ਹੈ ਜਿਸਦੇ ਸਿੱਟੇ ਵਜੋਂ ਮਨੁੱਖੀ ਸਿਹਤ, ਵਾਤਾਵਰਣ ਅਤੇ ਖਾਧ ਖੁਰਾਕ ਦੇ ਖੇਤਰ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ। ਅੱਜ ਦੇ ਸਮੇਂ ਵਿੱਚ ਵਿਅਕਤੀ ਆਪਣੀ ਖੁਰਾਕ ਤੋਂ ਵੱਧ ਦਵਾਈਆਂ ਤੇ ਨਿਰਭਰ ਹੈ ਬਲੱਡ ਪ੍ਰੈਸ਼ਰ, ਮਾਨਸਿਕ ਤਨਾਅ, ਸ਼ੂਗਰ ਅਤੇ ਦਿਲ ਦੀਆਂ ਬਿਮਾਰੀਆਂ ਦੀ ਦਰ ਪ੍ਰਤੀਦਿਨ ਵਧਦੀ ਜਾ ਰਹੀ ਹੈ। ਇਸੇ ਲੜੀ ਵਿੱਚ ਵਿਚਾਰ ਕਰਦਿਆਂ ਡਾ. ਰੌਬਿਨ ਨੇ ਨੌਜਵਾਨਾਂ ਨੂੰ ਮਾਨਸਿਕ ਤਨਾਅ ਨੂੰ ਘਟਾਉਣ ਦੇ ਨੁਕਤਿਆਂ ਬਾਰੇ ਚਾਨਣਾ ਪਾਇਆ। ਇਸ ਮੌਕੇ ਸੰਬੋਧਨ ਕਰਦਿਆਂ ਮੈਡਮ ਕਿਰਨਜੀਤ ਕੌਰ ਨੇ ਸਿਹਤ ਵਿਭਾਗ ਅਤੇ ਸਰਕਾਰ ਦੁਆਰਾ ਚਲਾਈਆਂ ਜਾਂਦੀਆਂ ਸਿਹਤ ਸੰਭਾਲ ਗਤੀਵਿਧੀਆਂ ਦਾ ਭਰਭੂਰ ਲਾਭ ਲੈਣ ਦੀ ਗੱਲ ਆਖੀ ਅਤੇ ਸਿਹਤ ਵਿਭਾਗ ਦੁਆਰਾ ਜਾਰੀ ਹਦਾਇਤਾਂ ਦੀ ਪਾਲਣਾ ਕਰਕੇ ਸਿਹਤ ਸੰਭਾਲ ਵਿੱਚ ਭਾਗੀਦਾਰੀ ਬਨਣ ਲਈ ਕਿਹਾ। ਇਸ ਮੌਕੇ ਵਿਸ਼ਵ ਹਾਈਪਰਟੈਂਸਨ ਵਿਸ਼ੇ ਤੇ ਪੋਸਟਰ ਮੁਕਾਬਲੇ ਦਾ ਆਯੋਜਨ ਕਰਵਾਇਆ ਗਿਆ ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵਧ ਚੜ੍ਹ ਕੇ ਹਿੱਸਾ ਲਿਆ ਅਤੇ ਇਸ ਪੋਸਟਰ ਮੁਕਾਬਲੇ ਵਿੱਚੋਂ ਗਿਆਰਵੀਂ ਜਮਾਤ ਦੇ ਵਿਦਿਆਰਥੀ ਮੁਸਕਾਨ ਕੌਰ ਨੇ ਪਹਿਲਾ, ਗੁਰਜੋਤ ਸਿੰਘ ਨੇ ਦੂਸਰਾ ਅਤੇ ਬਖਸ਼ੀਸ਼ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਸਿਹਤ ਵਿਭਾਗ ਦੀ ਟੀਮ ਅਤੇ ਅਧਿਆਪਕਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਚੇਅਰਮੈਨ ਡਾ. ਬਲਵਿੰਦਰ ਸਿੰਘ ਬਰਾੜ, ਮੈਨੇਜਿੰਗ ਡਾਇਰੈਕਟਰ ਸ੍ਰ ਕੁਲਦੀਪ ਸਿੰਘ ਖਿਆਲਾ, ਸਕੱਤਰ ਮਨਜੀਤ ਸਿੰਘ ਖਿਆਲਾ ਅਤੇ ਆਫਿਸ ਐਡਮਨਿਸਟ੍ਰੇਟਰ ਮੈਡਮ ਲਵਪ੍ਰੀਤ ਕੌਰ ਨੇ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਅਜਿਹੇ ਪ੍ਰੋਗਰਾਮ ਉਲੀਕਣ ਦੀ ਵਚਨਵੱਧਤਾ ਪ੍ਰਗਟ ਕੀਤੀ। ਇਸ ਮੌਕੇ ਸਮੂਹ ਅਧਿਆਪਕ ਅਤੇ ਵਿਦਿਆਰਥੀ ਸ਼ਾਮਿਲ ਸਨ।

# ਸੰਤ ਬਾਬਾ ਫਤਿਹ ਸਿੰਘ ਪਬਲਿਕ ਸਕੂਲ ਵੱਲੋਂ ਵਿਖੇ ਅਧਿਆਪਕ ਮਾਪੇ ਮਿਲਣੀ ਦਿਨ ਮਨਾਇਆ



ਰਾਮਪੁਰਾ ਫੂਲ, 24 ਮਈ (ਜਗਜੀਤ ਸਿੰਘ ਜੱਗਾ) : ਸ਼੍ਰੋਮਣੀ ਕਮੇਟੀ ਅਧੀਨ ਚੱਲ ਰਹੇ ਸਕੂਲ ਸੰਤ ਬਾਬਾ ਤੇ ਸਿੰਘ ਵਿੱਚ ਅੱਜ ਅਧਿਆਪਕ ਮਾਪੇ ਮਿਲਣੀ ਸਮੇਂ ਮਾਪਿਆਂ ਨੂੰ ਛੁੱਟੀਆਂ ਦਾ ਕੰਮ ਦਿੱਤਾ ਗਿਆ ਇਸ ਤੋਂ ਇਲਾਵਾ ਦਸ ਵੀ ਕਲਾਸ ਦੇ ਨਤੀਜੇ ਵਿੱਚ ਫਸਟ ਆਈ ਵਿਦਿਆਰਥੀ ਖੁਸ਼ਨੂਰ ਸ਼ਰਮਾ ਅਰਸ਼ਦੀਪ ਸਿੰਘ ਜਸਮੀਤ ਕੌਰ ਦੀ ਮਾਪਿਆਂ ਨਾਲ ਪ੍ਰਿੰਸੀਪਲ ਸਰਦਾਰ ਰਣਜੀਤ ਸਿੰਘ ਜੀ ਨੇ ਬੱਚਿਆਂ ਨੂੰ ਸਨਮਾਨ ਦੇਣ ਲਈ ਇੱਕ ਸਪੈਸ਼ਲ ਮੀਟਿੰਗ ਕੀਤੀ ਅਤੇ ਮਾਪਿਆਂ ਨੂੰ ਬੱਚਿਆਂ ਦੀਆਂ ਪੁਜੀਸ਼ਨਾਂ ਲਈ ਵਧਾਈਆਂ ਦਿੱਤੀਆਂ ਇਸ ਮੌਕੇ ਬੱਚਿਆਂ ਨੂੰ ਟਰੈਫਿਕ ਦੇ ਕੇ ਪ੍ਰਿੰਸੀਪਲ ਸਰ ਵੱਲੋਂ ਸਨਮਾਨਿਤ ਕੀਤਾ ਗਿਆ ਇਸ ਮੌਕੇ ਮੈਡਮ ਹਰਜਿੰਦਰ ਕੌਰ ਤੇ ਪਰਮਜੀਤ ਕੌਰ ਹਾਜ਼ਰ ਸਨ।

ਇਸ ਤੋਂ ਇਲਾਵਾ ਸਕੂਲ ਵਿੱਚ ਠੰਡੇ ਪਾਣੀ ਦੀ ਸਬੀਲ ਵੀ ਲਗਾਈ ਗਈ। ਜਿਸ ਦਾ ਪ੍ਰਬੰਧ ਅਧਿਆਪਕ ਗੋਪਾਲ ਸਿੰਘ, ਜਸਪਾਲ ਸਿੰਘ, ਮਨਦੀਪ ਸਿੰਘ, ਬਾਈ ਸੁਖਵਿੰਦਰ ਸਿੰਘ, ਬਾਈ ਜਸਵੰਤ ਸਿੰਘ ਤੇ ਡਰਾਈਵਰਾਂ ਵੱਲੋਂ ਬੜੇ ਸੁਚੱਜੇ ਢੰਗ ਨਾਲ ਕੀਤਾ ਗਿਆ।

# ਸਿੱਖਿਆ ਹੀ ਮਨੁੱਖ ਦੇ ਮਾਨਸਿਕ ਤੇ ਆਰਥਿਕ ਵਿਕਾਸ ਦਾ ਆਧਾਰ ਹੈ-ਵਿਧਾਇਕ ਵਿਜੈ ਸਿੰਗਲਾ



ਮਾਨਸਾ, 24 ਮਈ (ਵਿਰੋਂਦਰਪਾਲ ਮੰਤਰੋ) : ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਅੱਜ ਹਲਕਾ ਮਾਨਸਾ ਦੇ ਵਿਧਾਇਕ ਡਾ ਵਿਜੈ ਸਿੰਗਲਾ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਕੋਟਲੀ ਕਲਾਂ ਵਿਖੇ 08 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਚਾਰਦੀਵਾਰੀ 01 ਲੱਖ 60 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਟਰੈਕ, ਸਰਕਾਰੀ ਮਿਡਲ ਸਕੂਲ ਭਾਈ ਦੇਸਾ ਵਿਖੇ 01 ਲੱਖ 25 ਹਜ਼ਾਰ ਰੁਪਏ ਦੀ ਲਾਗਤ ਨਾਲ ਚਾਰਦੀਵਾਰੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੈਣੀ ਬਾਘਾ ਵਿਖੇ 12 ਲੱਖ ਰੁਪਏ ਨਾਲ ਚਾਰਦੀਵਾਰੀ ਦੀ ਉਸਾਰੀ ਅਤੇ 04 ਲੱਖ ਰੁਪਏ ਨਾਲ ਸਾਇੰਸ ਲੈਬ, ਸਰਕਾਰੀ ਪ੍ਰਾਇਮਰੀ ਸਕੂਲ ਭੈਣੀ ਬਾਘਾ ਵਿਖੇ 02 ਲੱਖ ਰੁਪਏ ਦੀ ਲਾਗਤ ਨਾਲ ਚਾਰਦੀਵਾਰੀ ਅਤੇ 03 ਲੱਖ ਰੁਪਏ ਨਾਲ ਰਿਪੇਅਰ ਆਦਿ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਇਸ ਮੌਕੇ ਵਿਧਾਇਕ ਵਿਜੈ ਸਿੰਗਲਾ ਨੇ ਬੋਲਦਿਆਂ ਕਿਹਾ ਕਿ ਸਿੱਖਿਆ ਹੀ ਮਨੁੱਖ ਦੇ ਮਾਨਸਿਕ ਤੇ ਆਰਥਿਕ ਵਿਕਾਸ ਦਾ ਆਧਾਰ ਹੈ। ਸਿੱਖਿਆ ਦੀ ਅਹਿਮੀਅਤ ਨੂੰ ਸਮਝਦੇ ਹੋਏ ਹਰ ਇਕ ਬੱਚੇ ਨੂੰ ਜ਼ਰੂਰ ਪੜ੍ਹਾਉਣਾ ਚਾਹੀਦਾ ਹੈ। ਸਾਡੀ ਸਰਕਾਰ ਹਰੇਕ ਸਰਕਾਰੀ ਸਕੂਲ ਵਿਚ ਸਿੱਖਿਆ ਪ੍ਰਣਾਲੀ ਦੇ ਸੁਧਾਰ ਲਈ ਵਚਨਬੱਧ ਹੈ। ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਮਾਰਕੀਟ ਕਮੇਟੀ ਮਾਨਸਾ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਪਰਮਜੀਤ ਸਿੰਘ ਭੋਗਲ, ਅਜੈਬ ਸਿੰਘ ਬੁਰਜ ਹਰੀ ਸਿੱਖਿਆ ਕੋਓਰਡੀਨੇਟਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੈਣੀ ਬਾਘਾ ਦੇ ਮੁਖੀ ਯੋਗਿਤਾ ਜੋਸ਼ੀ, ਸਰਕਾਰੀ ਪ੍ਰਾਇਮਰੀ ਸਕੂਲ ਭੈਣੀ ਬਾਘਾ ਦੇ ਐੱਚ ਟੀ ਪ੍ਰਭਜੋਤ ਕੌਰ, ਸਰਕਾਰੀ ਹਾਈ ਸਕੂਲ ਕੋਟਲੀ ਕਲਾਂ ਦੇ ਮੁਖੀ ਜਗਰੂਪ ਸਿੰਘ, ਸਰਕਾਰੀ ਪ੍ਰਾਇਮਰੀ ਸਕੂਲ ਕੋਟਲੀ ਕਲਾਂ ਦੇ ਮੁਖੀ ਦੌਲਤ ਸਿੰਘ, ਸਰਕਾਰੀ ਮਿਡਲ ਸਕੂਲ ਭਾਈ ਦੇਸਾ ਦੇ ਮੁਖੀ ਰਜਨੀ ਗਰਗ, ਸਰਕਾਰੀ ਪ੍ਰਾਇਮਰੀ ਸਕੂਲ ਭਾਈ ਦੇਸਾ ਦੇ ਸੀ ਐੱਚ ਟੀ ਪਰਵਿੰਦਰ ਸਿੰਘ, ਭੈਣੀ ਬਾਘਾ ਦੇ ਸਰਪੰਚ ਸਿਮਰਜੀਤ ਕੌਰ, ਸੁਖਜਿੰਦਰ ਸਿੰਘ, ਐੱਸ ਐੱਮ ਸੀ ਚੇਅਰਮੈਨ ਭੈਣੀ ਬਾਘਾ ਪ੍ਰੀਤਮ ਸਿੰਘ, ਐੱਸ ਐੱਮ ਸੀ ਚੇਅਰਪ੍ਰਸਨ ਸੁਖਪਾਲ ਕੌਰ, ਕੈਂਪਸ ਮਨੇਜਰ ਭੈਣੀ ਬਾਘਾ ਨਰਿੰਦਰ ਸ਼ਰਮਾ ਐੱਸ ਡੀ ਓ, ਡਾ ਜਸਵੀਰ ਸਿੰਘ, ਸੱਤਪਾਲ ਸਿੰਘ, ਜਗਸੀਰ ਸਿੰਘ, ਜਸਵੰਤ ਸਿੰਘ, ਜਗਤਾਰ ਸਿੰਘ ਬੱਗਾ, ਕੋਟਲੀ ਕਲਾਂ ਦੇ ਸਰਪੰਚ ਮੱਖਣ ਸਿੰਘ, ਐੱਸ ਐੱਮ ਸੀ ਚੇਅਰਮੈਨ ਗੁਰਦੀਪ ਸਿੰਘ, ਸਿਕੰਦਰ ਸਿੰਘ ਢਿੱਲੋਂ, ਕੁਲਦੀਪ ਸਿੰਘ,ਭਾਈ ਦੇਸਾ ਦੇ ਸਰਪੰਚ ਅਜੈਬ ਸਿੰਘ, ਐੱਸ ਐੱਮ ਸੀ ਚੇਅਰਮੈਨ ਰਾਜ ਕੁਮਾਰ, ਪਰਮਜੀਤ ਕੌਰ,ਬਲਵੀਰ ਸਿੰਘ, ਬਲਵੀਰ ਸਿੰਘ ਬੀਰਾ, ਐੱਚ ਟੀ ਰਾਜਿੰਦਰ ਸਿੰਘ ਕੋਟੜਾ ਕਲਾ ਹਾਜ਼ਰ ਸਨ।

# ਸਿੱਖਿਆ ਢਾਂਚੇ ਦਾ ਵਿਕਾਸ ਕਰ ਕੇ ਪੰਜਾਬ ਸਰਕਾਰ ਨੇ ਸੂਬੇ ਦੀ ਤਰੱਕੀ ਦੇ ਬੀਜ ਬੀਜੇ: ਚੇਅਰਮੈਨ ਘੁੱਲੀ



ਸ਼ੇਰਪੁਰ, 24 ਮਈ (ਰਣਜੀਤ ਸਿੰਘ ਪੇਧਨੀ): ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਦੇ ਸਿੱਖਿਆ ਖੇਤਰ ਨੂੰ ਬਿਹਤਰੀਨ ਬਨਾਉਣ ਵਾਸਤੇ ਵਿੱਡੀ ਗਈ ਮੁਹਿੰਮ ‘ਪੰਜਾਬ ਸਿੱਖਿਆ ਕ੍ਰਾਂਤੀ’ ਤਹਿਤ ਸੂਬੇ ਦੇ ਸਿੱਖਿਆ ਢਾਂਚੇ ਦਾ ਵਿਕਾਸ ਹੋ ਰਿਹਾ ਹੈ, ਜਿਸ ਨਾਲ ਸੂਬੇ ਦੀ ਤਰੱਕੀ ਦੇ ਬੀਜ ਬੀਜੇ ਗਏ ਹਨ। ਅੱਜ ਪਿੰਡ ਕਿਲਾ ਹਕੀਮਾਂ ਵਿਖੇ ਸਰਕਾਰੀ ਹਾਈ ਸਕੂਲ ਦੇ ਹੈਡ ਟੀਚਰ ਹਰਪ੍ਰੀਤ ਸਿੰਘ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਹੈਡ ਟੀਚਰ ਮੈਡਮ ਅਮਨਦੀਪ ਕੌਰ ਦੀ ਅਗਵਾਈ ਹੇਠ ਸਕੂਲ ਵਿੱਚ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਮੁੱਖ ਮੰਤਰੀ ਕੈਂਪਸ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਘੁੱਲੀ ਨੇ ਕਿਹਾ ਕਿ ਕੋਈ ਸਮਾਂ ਸੀ ਜਦੋਂ ਆਮ ਲੋਕ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜਾਉਣ ਨੂੰ ਹੀ ਤਰਜੀਹ ਦਿੰਦੇ ਸਨ ਪ੍ਰੰਤੂ ਮੌਜੂਦਾ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਉਪਰਾਲਿਆਂ ਸਦਕਾ ਅੱਜ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਦੀ ਗਿਣਤੀ ਵਿੱਚ ਵੱਡਾ ਇਜ਼ਾਫਾ ਹੋਇਆ ਹੈ।ਇਸ ਮੌਕੇ ਦਰਸਨ ਸਿੰਘ ਸਿੱਖਿਆ ਕੋਆਰਡੀਨੇਟਰ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ,ਸੁਖਪਾਲ ਸਿੰਘ, ਰਾਜ ਕੁਮਾਰ, ਹਰਮਿਲਾਪ ਸਿੰਘ, ਅਮਨਦੀਪ ਸਿੰਘ, ਜਸਪਾਲ ਕੌਰ, ਹਰਵਿੰਦਰ ਕੌਰ, ਰੁਪਿੰਦਰ ਕੌਰ, ਮਨਦੀਪ ਕੌਰ, ਰਮਨਦੀਪਕੌਰ,ਅਮਨਦੀਪ ਕੌਰ ਸੁਨੀਲ ਕੁਮਾਰ, ਕਮਲਜੀਤ ਸਿੰਘ, ਅਮਨਦੀਪ ਸਿੰਘ, ਪਰਉਪਕਾਰ ਸਿੰਘ, ਪਿ?ਤਪਾਲ ਸਿੰਘ, ਬਲਜਿੰਦਰ ਕੌਰ, ਸੰਦੀਪ ਕੌਰ, ਮਨਦੀਪ ਕੌਰ ਹਾਜ਼ਰ ਸਨ।

# ਵਾਈਐੱਸ ਜੈਨੇਕਸਟ ਸਕੂਲ ਐਲਕੇਜੀ ਦੇ ਨੰਨ੍ਹੇ ਸਿਤਾਰੇ 3 ਦਿਨਾਂ ਦੇ ਪੋਸ਼ਣ ਥੀਮ ਸਮਾਰੋਹ ਵਿੱਚ ਛਾਏ ਰਹੇ



ਬਰਨਾਲਾ, 24 ਮਈ (ਹਿਮਾਂਸ਼ੂ ਗਰਗ): ਵਾਈਐੱਸ ਜੈਨਨੇਕਸਟ ਸਕੂਲ ਵਿੱਚ ਐਲਕੇਜੀ ਦੇ ਬੱਚਿਆਂ ਲਈ ਹਾਲ ਹੀ ਵਿੱਚ “ਹੈਲਦੀ ਮੀ, ਹੈਪੀ ਵੀ”ਥੀਮ ’ਤੇ ਆਧਾਰਿਤ 3 ਦਿਨਾਂ ਦਾ ਖੁਸ਼ਹਾਲ ਤੇ ਸਿੱਖਣਯੋਗ ਸਮਾਗਮ ਮਨਾਇਆ ਗਿਆ। ਨੰਨੇ ਮੁੰਨ੍ਹੇ ਬੱਚਿਆਂ ਨੇ ਸਟੇਜ ’ਤੇ ਆ ਕੇ ਗੀਤਾਂ, ਨਾਟਕ ਅਤੇ ਨੱਚ ਰਾਹੀਂ ਸਹੀ ਪੋਸ਼ਣ ਅਤੇ ਸੰਤੁਲਿਤ ਖੁਰਾਕ ਬਾਰੇ ਸੁਨੇਹਾ ਦਿੱਤਾ। ਹਰੇਕ ਬੱਚੇ ਨੂੰ ਸਟੇਜ ’ਤੇ ਆਪਣੇ ਆਪ ਨੂੰ ਦਰਸਾਉਣ ਦਾ ਮੌਕਾ ਮਿਲਿਆ, ਜਿਸ ਨਾਲ ਇਹ ਸਮਾਗਮ ਪੂਰੀ ਤਰ੍ਹਾਂ ਸਮੇਟਣਯੋਗ ਬਣਿਆ। ਫਲਾਂ, ਸਬਜ਼ੀਆਂ ਅਤੇ ਸਿਹਤਮੰਦ ਆਦਤਾਂ ਦੇ ਰੂਪ ਵਿੱਚ ਸਜੇ ਬੱਚਿਆਂ ਨੇ ਆਤਮ-ਵਿਸ਼ਵਾਸ ਨਾਲ ਸਹੀ ਆਹਾਰ ਅਤੇ ਐਕਟਿਵ ਜੀਵਨ ਦੀ ਮਹੱਤਤਾ ਦਰਸਾਈ।

ਇਹ ਸ਼ੁਰੂਆਤੀ ਸਟੇਜ ਅਨੁਭਵ ਉਨ੍ਹਾਂ ਦੇ ਆਤਮ-ਵਿਸ਼ਵਾਸ, ਸੰਚਾਰ ਅਤੇ ਪਰਦਰਸ਼ਨ ਦੇ ਸ਼ੌਂਕ ਨੂੰ ਵਧਾਉਣ ਵਾਲਾ ਸਾਬਤ ਹੋਇਆ। ਮਾਪਿਆਂ ਨੇ ਆਪਣੇ ਨੰਨੇ ਸਿਤਾਰਿਆਂ ਨੂੰ ਗਰਵ ਨਾਲ ਦੇਖਿਆ। ਇਹ ਸਮਾਗਮ ਹਰ ਚਿਹਰੇ ’ਤੇ ਮੁਸਕਾਨ ਅਤੇ ਸਿਹਤਮੰਦ ਜੀਵਨ ਦੀ ਪ੍ਰੇਰਣਾ ਛੱਡ ਗਿਆ।

# ਐਸ.ਬੀ.ਐਸ. ਸਕੂਲ ਵਿਖੇ ਡੈਂਟਲ ਚੈਕਅੱਪ ਕੈਂਪ ਲਗਾਇਆ



ਬਰਨਾਲਾ, 24 ਮਈ (ਅਮਨਦੀਪ ਸਿੰਘ): ਐਸ.ਬੀ.ਐਸ ਪਬਲਿਕ ਸਕੂਲ ਸੁਰਜੀਤਪੁਰਾ ਵਿਖੇ ਸਕੂਲ ਮੈਨੇਜਮੈਂਟ ਦੀ ਅਗਵਾਈ ਹੇਠ ਬੱਚਿਆਂ ਦੇ ਦੰਦਾਂ ਦੇ ਚੈੱਕ-ਅੱਪ ਲਈ ਹਰੀ ਡੈਂਟਲ ਕਲੀਨਿਕ ਬਰਨਾਲਾ ਦੀ ਪੂਰੀ ਟੀਮ ਵੱਲੋਂ ਦੰਦਾਂ ਦਾ ਮੁਫ਼ਤ ਚੈਕਅੱਪ ਕੈਂਪ ਲਗਾਇਆ ਗਿਆ। ਜਿਸ ਵਿੱਚ ਡਾ. ਸਿਮਰਨਜੀਤ ਸਿਮੀ (ਬੀਡੀਐਸ), ਡਾ. ਲਵਪ੍ਰੀਤ ਸਿੰਘ (ਬੀਡੀਐਸ) ਅਤੇ ਪੂਰੀ ਟੀਮ ਦਾ ਵਿਸ਼ੇਸ਼ ਯੋਗਦਾਨ ਰਿਹਾ ਤੇ ਉਨ੍ਹਾਂ ਨੇ ਨਰਸਰੀ ਕਲਾਸ ਤੋਂ ਅੱਠਵੀਂ ਕਲਾਸ ਤੱਕ ਦੇ ਬੱਚਿਆਂ ਦਾ ਬਹੁਤ ਵਧੀਆ ਤਰੀਕੇ ਨਾਲ ਚੈੱਕ-ਅੱਪ ਕੀਤਾ। ਡਾ.ਵੱਲੋਂ ਬੱਚਿਆਂ ਨੂੰ ਉਨ੍ਹਾਂ ਦੇ ਦੰਦਾਂ ਦੀ ਬਿਮਾਰੀ ਦੇ ਅਧਾਰ ਦੇ ਵੱਖ-ਵੱਖ ਟੈਗ ਦਿੱਤੇ ਗਏ ਜਿਸ ਵਿੱਚ ਹਰੇ ਰੰਗ ਵਾਲਿਆਂ ਦੇ ਦੰਦ ਬਿਲਕੁਲ ਤੰਦਰੁਸਤ, ਪੀਲੇ ਰੰਗ ਵਾਲਿਆਂ ਨੂੰ ਬੁਰਸ਼ ਕਰਨ ਅਤੇ ਲਾਲ ਰੰਗ ਦੇ ਟੈਗ ਵਾਲਿਆਂ ਨੂੰ ਤੁਰੰਤ ਡਾਕਟਰੀ ਸਲਾਹ ਲੈਣ ਕਿਹਾ ਗਿਆ। ਕੈਂਪ ਦੀ ਸਮਾਪਤੀ ਦੌਰਾਨ ਡਾ. ਲਵਪ੍ਰੀਤ ਸਿੰਘ ਵੱਲੋਂ ਬੱਚਿਆਂ ਨੂੰ ਦੰਦਾਂ ਦੀ ਚੰਗੀ ਸਾਭ-ਸੰਭਾਲ ਬਾਰੇ ਜਾਣਕਾਰੀ ਸਾਂਝੀ ਕੀਤੀ ਜਿਸ ਵਿੱਚ ਉਨ੍ਹਾਂ ਨੇ ਦੱਸਿਆ ਕਿ ਫਾਸਟ ਫੂਡ ਜਿਵੇਂ ਕੈਂਡੀ, ਚਾਕਲੇਟ, ਪੀਜ਼ਾ, ਬਰਗਰ ਆਦਿ ਹੀ ਸਾਡੇ ਦੰਦਾਂ ਦੇ ਅਸਲੀ ਦੁਸ਼ਮਣ ਹਨ ਜੋ ਸਾਡੇ ਦੰਦਾਂ ਨੂੰ ਨੁਕਸਾਨ ਪਹੁੰਚਾਉਂਦੇ ਹਨ, ਇਸ ਲਈ ਸਾਨੂੰ ਇੰਨ੍ਹਾਂ ਨੂੰ ਛੱਡ ਕੇ ਫਲ, ਸਬਜ਼ੀਆਂ ਅਤੇ ਸੰਤੁਲਿਤ ਭੋਜਨ ਹੀ ਖਾਣਾ ਚਾਹੀਦਾ ਹੈ। ਇਸ ਮੌਕੇ ਵਾਈਸ ਪ੍ਰਿੰਸੀਪਲ ਡਾ. ਸੰਜੇ ਕੁਮਾਰ ਅਤੇ ਕੋਆਰਡੀਨੇਟਰ ਮੈਡਮ ਗੁਰਜੀਤ ਕੌਰ ਨੇ ਡਾਕਟਰਾਂ ਦੀ ਟੀਮ ਨੂੰ ਸਨਮਾਨਿਤ ਕੀਤਾ।

# ਸਕੂਲਾਂ ਵਿੱਚ ਉਸਾਰੂ ਮਾਹੌਲ ਸਿਰਜਣ ਲਈ ਮਾਨ ਸਰਕਾਰ ਨੇ ਚਲਾਈ ਸਿੱਖਿਆ ਕ੍ਰਾਂਤੀ ਮੁਹਿਮ : ਚੇਅਰਮੈਨ ਢਿੱਲੋਂ



ਸ਼ੇਰਪੁਰ, 24 ਮਈ (ਰਣਜੀਤ ਸਿੰਘ ਪੇਧਨੀ): ਪੰਜਾਬ ਸਿੱਖਿਆ ਕ੍ਰਾਂਤੀ, ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਰੁਸ਼ਨਾਉਣ ਲਈ ਅਹਿਮ ਜ਼ਰੀਆ ਸਾਬਤ ਹੋ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਕੈਂਪਸ ਇੰਚਾਰਜ ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕੀਤਾ। ਉਹ ਅੱਜ ਪਿੰਡ ਬਾਲੀਆਂ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਹਾਈ ਸਮਾਰਟ ਸਕੂਲ ਬਾਲੀਆਂ ਦੇ ਹੈਡ ਟੀਚਰਰਜੀਵ ਕੁਮਾਰ ਬੰਸਲ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਬਾਲੀਆਂ ਦੇ ਹੈਡ ਟੀਚਰ ਮਨਜੀਤ ਸਿੰਘ ਦੀ ਅਗਵਾਈ ਹੇਠ ਦੋਵਾਂ ਸਕੂਲਾਂ ਵਿੱਚ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਦੇ ਲਈ ਵਿਸ਼ੇਸ਼ ਤੌਰ ’ਤੇ ਪਹੁੰਚੇ ਹੋਏ ਸਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਮੁਹਿੰਮ ਯੋਜਨਾਬੱਧ ਤਰੀਕੇ ਨਾਲ ਚਲਾਈ ਜਾ ਰਹੀ ਹੋ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਅਜਿਹਾ ਉਸਾਰੂ ਮਾਹੌਲ ਸਿਰਜਿਆ ਜਾ ਸਕੇ ਜਿਸ ਨਾਲ ਨਵੇਂ ਦਾਖਲਿਆਂ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਉਡੀਕ ਨਾ ਕਰਨੀ ਪਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਸਿੱਖਿਆ ਨੂੰ ਅੰਤਰ ਰਾਸ਼ਟਰੀ ਵਿੱਦਿਅਕ ਸੰਸਥਾਵਾਂ ਦੇ ਹਾਣੀ ਬਣਾਉਣ ਲਈ ਕਲਾਸਰੂਮ, ਬੁਨਿਆਦੀ ਢਾਂਚਾ ਅਤੇ ਡਿਜੀਟਲ ਸਿਖਲਾਈ ਸਹੂਲਤਾਂ ਦਾ ਆਧੁਨਿਕੀਕਰਨ ਕੀਤਾ ਗਿਆ ਹੈ। ਇਸ ਮੌਕੇ ਸਿੱਖਿਆ ਕੋਆਰਡੀਨੇਟਰ ਦਰਸ਼ਨ ਸਿੰਘ ਪਾਠਕ, ਹਰਮਨਜੀਤ ਸਿੰਘ, ਹਰਵਿੰਦਰ ਕੌਰ, ਅਮਰਜੀਤ ਸਿੰਘ, ਮਨਜੀਤ ਕੌਰ, ਅਲਪਨਾ ਸਿੰਗਲਾ, ਨਾਜਰ ਸਿੰਘ, ਸਰਪੰਚ ਕੁਲਦੀਪ ਸਿੰਘ,ਅਮਨਿੰਦਰ ਸਿੰਘ, ਰੰਜੂ ਬਾਲਾ, ਸੁਖਵੰਤ ਸਿੰਘ, ਮਨਪ੍ਰੀਤ ਸਿੰਘ ਸਲੇਮਪੁਰ, ਗਿੰਨੀ ਸਲੇਮਪੁਰ ਹਾਜ਼ਰ ਸਨ।

# ਪਿੰਡ ਭੂਰੇ, ਹਰੀਗੜ੍ਹ, ਉਪਲੀ, ਬਡਬਰ ਮਗਰੋਂ ਹੁਣ ਕੋਠਾ ਗੁਰੂ ਕੇ ਲੱਗਿਆ ਨਵਾਂ ਮੋਘਾ 120 ਏਕੜ ਰਕਬੇ ਨੂੰ ਮਿਲੇਗਾ ਨਹਿਰੀ ਪਾਣੀ : ਮੀਤ ਹੇਅਰ



ਧਨੌਲਾ, 24 ਮਈ (ਚਮਕੌਰ ਸਿੰਘ ਗੱਗੀ): ਹਲਕਾ ਬਰਨਾਲਾ ਦੇ ਪਿੰਡ ਭੂਰੇ, ਹਰੀਗੜ੍ਹ, ਉਪਲੀ, ਬਡਬਰ ਮਗਰੋਂ ਹੁਣ ਕੋਠਾ ਗੁਰੂ ਕੇ ਅਤੇ ਮਾਨਾ ਪਿੰਡ ਦੇ ਖੇਤ ਵੀ ਨਹਿਰੀ ਪਾਣੀ ਨਾਲ ਸਿੰਜੇ ਜਾਣਗੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਸਭਾ ਮੈਂਬਰ ਸੰਗਰੂਰ ਸ. ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਉਪਲੀ ਰਜਵਾਹੇ ਵਿੱਚ ਕੋਠਾ ਗੁਰੂ ਕੇ ਵਿਖੇ ਨਵੇਂ ਮੋਘੇ ਦਾ ਉਦਘਾਟਨ ਕਰਨ ਮੌਕੇ ਕੀਤਾ, ਉਹਨਾਂ ਕਿਹਾ ਕਿ ਇਸ ਮੋਘੇ ਨਾਲ ਕਰੀਬ 120 ਏਕੜ ਰਕਬੇ ਨੂੰ ਫਾਇਦਾ ਹੋਵੇਗਾ। ਇਸ ਮੌਕੇ ਸੰਬੋਧਨ ਕਰਦੇ ਹੋਏ ਸ. ਮੀਤ ਹੇਅਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਨਹਿਰੀ ਪਾਣੀ ਟੇਲਾਂ ਤੱਕ ਪੁੱਜਦਾ ਕਰਨ ਲਈ ਕਰੋੜਾਂ ਰੁਪਏ ਦੇ ਨਹਿਰੀ ਪ੍ਰੋਜੈਕਟ ਸੂਬੇ ਨੂੰ ਦਿੱਤੇ ਗਏ ਹਨ ਅਤੇ ਜ਼ਿਲ੍ਹਾ ਬਰਨਾਲਾ ਵਿੱਚ ਵੀ ਇਸ ਤੋਂ ਪਹਿਲਾਂ ਕਿਸੇ ਸਰਕਾਰ ਵਿੱਚ ਇੰਨੇ ਨਹਿਰੀ ਪ੍ਰੋਜੈਕਟ ਨਹੀਂ ਲਿਆਂਦੇ ਉਨ੍ਹਾਂ ਕਿਹਾ ਕਿਹਾ ਕਿ ਇਸ ਤੋਂ ਪਹਿਲਾਂ ਪਿੰਡ ਭੂਰੇ, ਹਰੀਗੜ੍ਹ, ਉਪਲੀ, ਬਡਬਰ ਵਿੱਚ ਨਵੇਂ ਮੋਘੇ ਲਾਏ ਗਏ ਹਨ। ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਏਨੇ ਰਜਵਾਹੇ, ਮੋਘੇ ਨਾ ਬਣਨ ਕਾਰਨ ਸੂਬਾ ਨਹਿਰੀ ਪਾਣੀ ਦੀ ਵਰਤੋਂ ਬਹੁਤ ਘੱਟ ਕਰ ਰਿਹਾ ਸੀ, ਜਦਕਿ ਹੁਣ ਅਸੀਂ ਆਪਣਾ ਨਹਿਰੀ ਵਰਤਣਾ ਸ਼ੁਰੂ ਕੀਤਾ ਹੈ। ਇਸ ਮੌਕੇ ਚੇਅਰਮੈਨ ਨਗਰ ਸੁਧਾਰ ਟਰੱਸਟ ਬਰਨਾਲਾ ਸ੍ਰੀ ਰਾਮ ਤੀਰਥ ਮੰਨਾ, ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ, ਹਸਨਪ੍ਰੀਤ ਭਾਰਦਵਾਜ, ਨਗਰ ਕੌਂਸਲ ਬਰਨਾਲਾ ਦੇ ਪ੍ਰਧਾਨ ਗੁਰਜੀਤ ਸਿੰਘ ਰਾਮਣਵਾਸੀਆ, ਚੇਅਰਮੈਨ ਇੰਪਰੂਵਮੈਂਟ ਬਰਨਾਲਾ ਰਾਮ ਤੀਰਥ ਮੰਨਾ, ਮਾਰਕੀਟ ਕਮੇਟੀ ਧਨੌਲਾ ਦੇ ਚੇਅਰਮੈਨ ਗੁਰਜੋਤ ਸਿੰਘ ਠੱਠਲ, ਐਸਡੀਓ ਨਹਿਰੀ ਵਿਭਾਗ ਅਵਤਾਰ ਸਿੰਘ ਚਹਿਲ ਜੇਈ ਗੁਰਦੀਪ ਸਿੰਘ, ਆਰਓ ਅਤਿੰਦਰਪਾਲ ਸਿੰਘ, ਸਰਪੰਚ ਮਾਨਾ ਪਿੰਡੀ ਸੁਖਬੀਰ ਸਿੰਘ ਅਮਨਦੀਪ ਸਿੰਘ ਪੰਚ ਸਾਬਕਾ ਗੁਰਮੇਲ ਸਿੰਘ ਪੰਚ ਰਘਵੀਰ ਸਿੰਘ ਗੁਰਦੀਪ ਸਿੰਘ ਪੰਚ ਗੁਰਜੀਤ ਸਿੰਘ ਪੰਚ ਲਖਬੀਰ ਸਿੰਘ ਸਰਪੰਚ ਕੋਠੇ ਗੁਰੂ ਕੇ ਹਰਸਿਮਰਨ ਸਿੰਘ ਪੰਚ ਰਾਜਕੁਮਾਰ ਪੰਚ ਗੁਰਮੇਲ ਸਿੰਘ ਸਾਬਕਾ ਪੰਚ ਅਮਰਜੀਤ ਸਿੰਘ ਜਸਪਾਲ ਦਾਸ ਬਲਵੀਰ ਸਿੰਘ ਨਿਰਭੈ ਸਿੰਘ ਸਾਬਕਾ ਪੰਚ ਗੁਰਜੀਤ ਸਿੰਘ ਅਤੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ।

# ਜ਼ਿਲ੍ਹਾ ਬਰਨਾਲਾ ਵਿਖੇ ਕੌਮੀ ਲੋਕ ਅਦਾਲਤ ਦਾ ਆਯੋਜਨ



ਬਰਨਾਲਾ, 24 ਮਈ (ਕਪਿਲ) : ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ,ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਤੀ 24.05.2025 ਨੂੰ ਜ਼ਿਲ੍ਹਾ ਕਚਹਿਰੀ ਕੰਪਲੈਕਸ, ਬਰਨਾਲਾ ਵਿਖੇ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਸ੍ਰੀ ਬੀ.ਬੀ.ਐੱਸ. ਤੇਜੀ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ—ਸਹਿਤ—ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਤਰ੍ਹਾਂ ਦੇ ਪ੍ਰੀ—ਲਿਟੀਗੇਟਿਵ ਅਤੇ ਪੈਂਡਿੰਗ ਕੇਸਾਂ ਦਾ ਸਮਝੌਤਾ ਕਰਕੇ ਨਿਪਟਾਰਾ ਕਰਨ ਲਈ ਰਾਕੇਸ਼ ਕੁਮਾਰ ਗੁਪਤਾ, ਐਡੀਸ਼ਨਲ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਸ਼੍ਰੀ ਦੀਪਕ ਕੁਮਾਰ ਚੌਧਰੀ ਪ੍ਰਿੰਸੀਪਲ ਜੱਜ ਫੈਮਿਲੀ ਕੋਰਟ, ਮੁਨੀਸ਼ ਗਰਗ, ਸਿਵਲ ਜੱਜ (ਸ.ਡ.), ਸ਼੍ਰੀਨੂ ਕੁਮਾਰ, ਵਧੀਕ ਸਿਵਲ ਜੱਜ ਸੀਨੀਅਰ ਡਿਵੀਜ਼ਨ, ਅਨੁਪਮ ਗੁਪਤਾ, ਸਿਵਲ ਜੱਜ (ਜ. ਡ), ਮਿਸ ਨਿਹਾਰਿਕਾ ਸਿੰਗਲਾ ਸਿਵਲ ਜੱਜ (ਜ.ਡ.), ਮਿਸ ਗਿਤਾਸ਼ੂ ਸਿਵਲ ਜੱਜ (ਜ.ਡ.), ਅਤੇ ਸ਼?ਰੀ ਰਜਿੰਦਰਪਾਲ ਗੋਇਲ, ਚੇਅਰਮੈਨ, ਸਥਾਈ ਲੋਕ ਅਦਾਲਤ ਦੇ ਕੁੱਲ 08 ਬੈਚਾਂ ਦਾ ਗਠਨ ਕੀਤਾ ਗਿਆ। ਸ਼?ਰੀ ਮਦਨ ਲਾਲ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਜੀ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਕੁੱਲ 13382 ਕੇਸਾਂ ਦੀ ਸੁਣਵਾਈ ਕੀਤੀ ਗਈ ਅਤੇ ਜਿਨਾਂ ਵਿੱਚੋਂ 9986 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ 20,64,65,874/- ਰੁਪਏ ਦੇ ਐਵਾਰਡ ਪਾਸ ਕੀਤੇ ਗਏ। ਇਹ ਕਿ ਦੋ ਧਿਰਾਂ (ਮੀਆਂ ਬੀਵੀ) ਵਿੱਚ ਆਪਸੀ ਵਿਵਾਹਿਕ ਵਿਵਾਦ ਸਾਲ 2023 ਤੋਂ ਚੱਲ ਰਿਹਾ ਸੀ ਜਿਸ ਵਿੱਚ ਧਿਰਾਂ ਵਲੋਂ 13 ਐੱਚ.ਐੱਮ.ਏ. ਦਾ ਕੇਸ ਵੀ ਅਦਾਲਤ ਵਿੱਚ ਚੱਲ ਰਿਹਾ ਸੀ ਇਹ ਕਿ ਇਸ ਕੋਮੀ ਲੋਕ ਅਦਾਲਤ ਵਿੱਚ ਦੋਨਾਂ ਧਿਰਾਂ ਨੂੰ ਬਿਠਾ ਕੇ ਸਮਝਾਇਆ ਗਿਆ ਅਤੇ ਮਾਨਯੋਗ ਜਿਲਾ ਅਤੇ ਸੈਸ਼ਨਜ਼ ਜੱਜ ਬੀ.ਬੀ.ਐੱਸ. ਤੇਜੀ ਜੀ ਦੀ ਮੌਜੂਦਗੀ ਵਿੱਚ ਦੋਹਾਂ ਧਿਰਾਂ ਨੇ ਇਕੱਠੇ ਰਹਿਣ ਦਾ ਫੈਸਲਾ ਕੀਤਾ ਅਤੇ ਲੜਕੀ ਧਿਰ ਵਲੋਂ 13 ਐੱਚ.ਐਮ.ਏ ਦਾ ਕੇਸ ਵਾਪਿਸ ਲਿਆ ਅਤੇ ਦੋਨੋਂ ਜਾਨੇ ਖੁਸ਼ੀ ਖੁਸ਼ੀ ਇਕੱਠੇ ਘਰ ਚਲੇ ਗਏ। ਅੰਤ ਵਿੱਚ ਮਾਨਯੋਗ ਚੇਅਰਮੈਨ ਨੇ ਦੱਸਿਆ ਕਿ ਇਹਨਾਂ ਲੋਕ ਅਦਾਲਤਾਂ ਦੇ ਬਹੁਤ ਸਾਰੇ ਲਾਭ ਹਨ ਜਿਵੇਂ ਕਿ ਕੇਸਾਂ ਦਾ ਜਲਦੀ ਨਿਪਟਾਰਾ, ਲੋਕ ਅਦਾਲਤ ਦੇ ਫੈਸਲੇ ਨੂੰ ਦੀਵਾਨੀ ਕੋਰਟ ਦੀ ਡਿਕਰੀ ਦੀ ਮਾਨਤਾ ਪ੍ਰਾਪਤ ਹੈ, ਲੋਕ ਅਦਾਲਤ ਦੇ ਫੈਸਲੇ ਖਿਲਾਫ ਕੋਈ ਅਪੀਲ ਨਹੀਂ ਹੁੰਦੀ ਅਤੇ ਫੈਸਲੇ ਅੰਤਿਮ ਹੁੰਦੇ ਹਨ, ਲੋਕ ਅਦਾਲਤ ਦੇ ਫੈਸਲੇ ਆਪਸੀ ਸਮਝੌਤੇ ਨਾਲ ਕਰਵਾਏ ਜਾਂਦੇ ਹਨ ਜਿਸ ਨਾਲ ਧਿਰਾਂ ਅਤੇ ਸਮਾਜ ਵਿੱਚ ਵੱਡੇ ਪੱਧਰ ਦੇ ਸ਼ਾਂਤੀ ਬਹਾਲ ਹੁੰਦੀ ਹੈ, ਲੋਕ ਅਦਾਲਤ ਵਿੱਚ ਫੈਸਲਾ ਹੋਣ ਉਪਰੰਤ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵਾਪਿਸ ਮਿਲ ਜਾਂਦੀ ਹੈ। ਉਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮਿਤੀ 13.09.2025 ਨੂੰ ਲਗਾਈ ਜਾਣ ਵਾਲੀ ਕੌਮੀ ਲੋਕ ਅਦਾਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ।

# ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜੀਵਨੀ ਬਾਰੇ ਕਰਵਾਈ ਗੋਸ਼ਟੀ ’ਚ ਵੱਖ ਵੱਖ ਵਿਦਵਾਨਾਂ ਨੇ ਲਿਆ ਭਾਗ

ਬਰਨਾਲਾ, 24 ਮਈ (ਸੁਖਵਿੰਦਰ ਸਿੰਘ ਭੰਡਾਰੀ): ਛੋਟੀ ਉਮਰੇ ਫ਼ਾਂਸੀ ਦਾ ਰੱਸਾ ਚੁੰਮਣ ਵਾਲੇ ਕਰਤਾਰ ਸਿੰਘ ਸਰਾਭਾ ਦੀ ਜੀਵਨੀ ਅਤੇ ਸ਼ਹਾਦਤ ਬਾਰੇ ਕਰਵਾਈ ਗਈ ਗੋਸ਼ਟੀ ਚ ਬੋਲਦਿਆਂ ਸਟੇਟ ਐਵਾਰਡੀ ਅਤੇ ਸਿੱਖਿਆ ਸ਼ਾਸਤਰੀ ਭੋਲਾ ਸਿੰਘ ਵਿਰਕ ਅਤੇ ਸਿਵਲ ਹਸਪਤਾਲ ਬਰਨਾਲਾ ਦੇ ਐਸ ਐਮ ਓ ਡਾਕਟਰ ਤਪਿੰਦਰਜੋਤ ਕੌਸ਼ਲ ਨੇ ਕਿਹਾ ਕਿ ਹਜ਼ਾਰਾਂ ਨੌਜਵਾਨਾਂ ਨੇ ਦੇਸ਼ ਨੂੰ ਅੰਗਰੇਜ਼ਾਂ ਤੋਂ ਆਜ਼ਾਦ ਕਰਵਾਉਣ ਲਈ ਲੜਾਈ ਲੜੀ ਅਤੇ ਹੱਸਦੇ-ਹੱਸਦੇ ਮੌਤ ਨੂੰ ਗਲ ? ਲਗਾਇਆ। ਉਨਾਂ ਵਿੱਚੋਂ ਕਰਤਾਰ ਸਿੰਘ ਸਰਾਭਾ ਪੰਜਾਬ ਦਾ ਅਜਿਹਾ ਸ਼ੇਰ ਸੀ ਜਿਸਨੇ ਆਪਣੀ ਇੱਕ ਵੱਖਰੀ ਪਹਿਚਾਣ ਬਣਾਈ। ਉਨ੍ਹਾਂ ਦਾ ਜਨਮ ਲੁਧਿਆਣਾ ਦੇ ਪਿੰਡ ਸਰਾਭਾ ਵਿੱਚ 24 ਮਈ 1896 ਨੂੰ ਮਾਤਾ ਸਾਹਿਬ ਕੌਰ ਅਤੇ ਪਿਤਾ ਮੰਗਲ ਸਿੰਘ ਦੇ ਘਰ ਹੋਇਆ। ਉੱਚ ਸਿੱਖਿਆ ਲਈ ਉਹ ਅਮਰੀਕਾ ਚਲਾ ਗਿਆ। ਕੈਲੀਫੋਰਨੀਆ ’ਚ 15 ਜੁਲਾਈ 1913 ਨੂੰ ਲਾਲਾ ਹਰਦਿਆਲ, ਸੋਹਣ ਸਿੰਘ ਭਕਨਾ, ਬਾਬਾ ਜਵਾਲਾ ਸਿੰਘ, ਸੰਤੋਖ ਸਿੰਘ ਅਤੇ ਸੰਤ ਬਾਬਾ ਵਿਸਾਖਾ ਸਿੰਘ ਦਾਦਰ ਵਰਗੇ ਮਹਾਨ ਸੁਤੰਤਰਤਾ ਸੈਨਾਨੀਆਂ ਦੁਆਰਾ ਆਜ਼ਾਦੀ ਲਈ ਗਦਰ ਪਾਰਟੀ ਬਣਾਈ। ਕਰਤਾਰ ਸਿੰਘ ਸਰਾਭਾ ਵੀ ਪਾਰਟੀ ਦੇ ਸਰਗਰਮ ਮੈਂਬਰ ਬਣ ਗਏ। ਇਸ ਮੌਕੇ ਬੋਲਦਿਆਂ ਸਮਾਜ ਸੇਵੀ ਧੰਨਾ ਸਿੰਘ ਗਰੇਵਾਲ ਅਤੇ ਵਾਤਾਵਰਣ ਪ੍ਰੇਮੀ ਸੁਖਦੀਪ ਸਿੰਘ ਨਗਰ ਕੌਂਸਲ ਬਰਨਾਲਾ ਨੇ ਕਿਹਾ ਕਿ ਕਰਤਾਰ ਸਿੰਘ ਸਰਾਭਾ ਇੱਕ ਬੇਹਤਰੀਨ ਲਿਖਾਰੀ ਵੀ ਸਨ। ਗ਼ਦਰ ਪਾਰਟੀ ਨੇ 1 ਨਵੰਬਰ 1913 ਨੂੰ ਪੰਜਾਬੀ, ਹਿੰਦੀ, ਉਰਦੂ, ਬੰਗਾਲੀ, ਗੁਜਰਾਤੀ ਅਤੇ ਪਸ਼ਤੋ ਭਾਸ਼ਾਵਾਂ ਵਿੱਚ ’ਗਦਰ’ ਨਾਮ ਦਾ ਅਖ਼ਬਾਰ ਪ੍ਰਕਾਸ਼ਤ ਕਰਨਾ ਸ਼ੁਰੂ ਕੀਤਾ। ਕਰਤਾਰ ਸਿੰਘ ਸਰਾਭਾ ਨੇ ਗ਼ਦਰ ਅਖ਼ਬਾਰ ਦੇ ਗੁਰਮੁਖੀ ਐਡੀਸ਼ਨ ਦੇ ਪ੍ਰਕਾਸ਼ਨ ਵਿਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਇਸ ਲਈ ਕਈ ਲੇਖ ਅਤੇ ਦੇਸ਼ ਭਗਤੀ ਦੀਆਂ ਕਵਿਤਾਵਾਂ ਲਿਖੀਆਂ। ਉਨਾਂ ਨੂੰ ਗ਼ਦਰ ਅਖ਼ਬਾਰ ਦੀ ਪ੍ਰਕਾਸ਼ਨਾਂ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸ ਦੌਰਾਨ ਪ੍ਰਸਿੱਧ ਕਾਰੋਬਾਰੀ ਅਤੇ ਸਮਾਜ ਸੇਵੀ ਬੱਬੂ ਅਗਰਵਾਲ ਅਤੇ ਮੁਲਾਜ਼ਮ ਆਗੂ ਗਿਆਨੀ ਅਵਤਾਰ ਸਿੰਘ ਲੀਲਾ ਨੇ ਕਿਹਾ ਕਿ ਕਰਤਾਰ ਸਿੰਘ ਸਰਾਭਾ ਨੇ ਆਜ਼ਾਦੀ ਘੁਲਾਟੀਏ ਰਾਸ ਬਿਹਾਰੀ ਬੋਸ ਨਾਲ ਮੁਲਾਕਾਤ ਕੀਤੀ ਅਤੇ ਮੀਆਂ ਮੀਰ ਅਤੇ ਫਿਰੋਜ਼ਪੁਰ ਦੀਆਂ ਛਾਉਣੀਆਂ ’ਤੇ ਕਬਜ਼ਾ ਕਰਕੇ ਅੰਬਾਲਾ ਅਤੇ ਦਿੱਲੀ ਵਿਚ ਹਥਿਆਰਬੰਦ ਬਗਾਵਤ ਕਰਨ ਦਾ ਫ਼ੈਸਲਾ ਕੀਤਾ। ਗ਼ਦਰ ਪਾਰਟੀ ਦੇ ਇੱਕ ਪੁਲਿਸ ਮੁਖ਼ਬਰ ਕਿਰਪਾਲ ਸਿੰਘ ਨੇ ਲਾਲਚ ਵਿੱਚ ਬਰਤਾਨਵੀ ਪੁਲਿਸ ਨੂੰ ਬਗਾਵਤ ਬਾਰੇ ਸੂਚਿਤ ਕਰ ਦਿੱਤਾ, ਜਿਸ ਦੇ ਸਿੱਟੇ ਵਜੋਂ ਪਾਰਟੀ ਦੇ ਵੱਡੀ ਗਿਣਤੀ ਵਿੱਚ ਕ੍ਰਾਂਤੀਕਾਰੀਆਂ ਨੂੰ 19 ਫਰਵਰੀ ਨੂੰ ਗ੍ਰਿਫਤਾਰ ਕਰ ਲਿਆ ਗਿਆ। ਬਰਤਾਨਵੀ ਸਰਕਾਰ ਨੇ 16 ਨਵੰਬਰ 1915 ਨੂੰ ਕਰਤਾਰ ਸਿੰਘ ਸਰਾਭਾ ਨੂੰ 19 ਸਾਲ ਦੀ ਉਮਰ ਚ ਅਤੇ ਉਨਾਂ ਦੇ 6 ਹੋਰ ਸਾਥੀਆਂ ਸਮੇਤ ਲਾਹੌਰ ਜੇਲ੍ਹ ਵਿੱਚ ਫਾਂਸੀ ਦੇ ਕੇ ਸ਼ਹੀਦ ਕਰ ਦਿੱਤਾ ਗਿਆ।

# ਲੋੜਵੰਦ ਪਰਿਵਾਰ ਦੀ ਲੜਕੀ ਦਾ ਕਰਵਾਇਆ ਵਿਆਹ ਤੇ ਦੋ ਵਿਦਿਆਰਥੀਆਂ ਦੀ ਭਰੀ ਫ਼ੀਸ

ਬਰਨਾਲਾ, 24 ਮਈ (ਸੁਖਵਿੰਦਰ ਸਿੰਘ ਭੰਡਾਰੀ): ਸ਼੍ਰੀ ਚਿੰਤਪੂਰਨੀ ਲੰਗਰ ਕਮੇਟੀ (ਰਜਿ.) ਬਰਨਾਲਾ ਅਤੇ ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਸੋਸਾਇਟੀ (ਰਜਿ) ਬਰਨਾਲਾ ਵੱਲੋਂ ਲੰਗਰ ਕਮੇਟੀ ਦੇ ਪ੍ਰਧਾਨ ਕਸਤੂਰੀ ਲਾਲ ਬਿੱਲੂ ਅਤੇ ਦੀਪ ਚੰਦ ਬਾਂਸਲ ਦੀ ਅਗਵਾਈ ਚ ਧਨੌਲਾ ਰੋਡ ਬਰਨਾਲਾ ਵਿਖੇ ਇੱਕ ਲੋੜਵੰਦ ਲੜਕੀ ਦਾ ਵਿਆਹ ਕੀਤਾ ਗਿਆ। ਇਸ ਮੌਕੇ ਲੜਕੇ ਅਤੇ ਲੜਕੀ ਦੋਨਾਂ ਪਰਿਵਾਰਾਂ ਦੇ ਮੈਂਬਰ ਅਤੇ ਰਿਸ਼ਤੇਦਾਰ ਸ਼ਾਮਿਲ ਹੋਏ। ਇਸ ਮੌਕੇ ਚਿੰਤਪੁਰਨੀ ਲੰਗਰ ਕਮੇਟੀ ਤੋਂ ਇਲਾਵਾ ਦੀਪਕ ਸੋਨੀ ਆਸ਼ਬਾ ਵਾਲੇ, ਸੰਜੀਵ ਬਾਂਸਲ ਐਮ ਡੀ ਕੌਪਲ ਕੰਪਨੀ, ਭਾਰਤ ਭੂਸ਼ਣ ਕਾਲੀ, ਬੱਬੂ ਅਗਰਵਾਲ, ਸੁਖਵਿੰਦਰ ਸਿੰਘ ਭੰਡਾਰੀ, ਪਿਆਰਾ ਲਾਲ ਰਾਏਸਰ ਵਾਲੇ, ਨੀਰਜ ਬਾਲਾ ਦਾਨੀਆ, ਅਵਤਾਰ ਸਿੰਘ ਲੀਲਾ, ਡਿੰਪੂ ਸਿੰਗਲਾ, ਅਸ਼ੀਸ਼ ਪਾਲ ਗੋਇਲ, ਸੁਦਰਸ਼ਨ ਧੌਲਾ, ਸੀਮਾ ਰਾਣੀ ਬਰਨਾਲਾ, ਸੇਵਾ ਮੁਕਤ ਪ੍ਰਿੰਸੀਪਲ ਰਾਕੇਸ਼ ਗਰਗ, ਰਾਜੇਸ਼ ਭੁਟਾਨੀ, ਵਿਜੇ ਦੀਮਾਨ, ਬਲਵਿੰਦਰ ਸ਼ਰਮਾ ਆਦਿ ਨੇ ਵਿਸ਼ੇਸ਼ ਯੋਗਦਾਨ ਪਾਇਆ। ਇਸ ਤੋਂ ਇਲਾਵਾ ਸਮਾਜ ਸੇਵੀ ਸੁਖਵਿੰਦਰ ਸਿੰਘ ਭੰਡਾਰੀ ਅਤੇ ਨੀਰਜ ਬਾਲਾ ਦਾਨੀਆ ਨੇ ਦੱਸਿਆ ਕਿ ਇਸ ਦੌਰਾਨ ਦੋ ਲੋੜਵੰਦ ਵਿਦਿਆਰਥੀਆਂ (ਇੱਕ ਨੌਵੀਂ ਕਲਾਸ ਅਤੇ ਦੂਜਾ ਪੰਜਵੀਂ ਕਲਾਸ) ਦੀ ਫ਼ੀਸ ਭਰੀ ਗਈ। ਇਸ ਮੌਕੇ ਰਾਕੇਸ਼ ਜਿੰਦਲ ਐਮ ਡੀ ਜਿੰਦਲ ਸਟੀਲ ਇੰਡਸਟਰੀਜ਼, ਬਬੀਤਾ ਜਿੰਦਲ, ਸੋਮਾ ਭੰਡਾਰੀ, ਸਪਨਾ ਗਰਗ, ਮੋਨਿਕਾ ਗਰਗ ਸੁਰਿੰਦਰ ਠੀਕਰੀਵਾਲ, ਡਾਕਟਰ ਰਾਜ ਕੁਮਾਰ, ਮਹਿੰਦਰ ਪਾਲ ਗਰਗ ਅਸ਼ਵਨੀ ਸ਼ਰਮਾ, ਕੇਵਲ ਕ੍ਰਿਸ਼ਨ ਗਰਗ, ਪ੍ਰਵੀਨ ਭੰਡਾਰੀ, ਮੰਗਲੀ ਵਰਮਾ, ਸ਼ਿਵਤਾਰ ਭੰਡਾਰੀ, ਹਰਮਨਜੀਤ ਸਿੰਘ ਰੁਪਾਲ, ਸੰਜੇ ਬੁੱਕ ਡੀਪੂ ਵਾਲੇ, ਅਨਿਲ ਕੁਮਾਰ, ਸਮੀਪ ਕੁਮਾਰ ਆਦਿ ਨੇ ਵਿਸ਼ੇਸ਼ ਤੌਰ ’ਤੇ ਹਾਜ਼ਰੀ ਲਗਵਾਈ।

## ਸੁਨੀਤਇੰਦਰ ਸਿੰਘ ਨੇ ਸੰਭਾਲਿਆ ਜ਼ਿਲ੍ਹਾ ਸਿੱਖਿਆ ਅਫ਼ਸਰ ਦਾ ਅਹੁਦਾ

ਬਰਨਾਲਾ, 24 ਮਈ (ਕਪਿਲ): ਸਿੱਖਿਆ ਵਿਭਾਗ ਦੇ ਪੀਈਐਸ ਗਰੁੱਪ ਏ ਕੇਡਰ ਦੀਆਂ ਹੋਈਆਂ ਤਰੱਕੀਆਂ ਅਤੇ ਬਦਲੀਆਂ ਤਹਿਤ ਸੁਨੀਤਇੰਦਰ ਸਿੰਘ ਵੱਲੋਂ ਜ਼ਿਲ੍ਹਾ ਸਿੱਖਿਆ ਦਫ਼ਤਰ ਬਰਨਾਲਾ ਵਿਖੇ ਬਤੌਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਦਾ ਅਹੁਦਾ ਸੰਭਾਲ ਲਿਆ ਗਿਆ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ ਮੈਡਮ ਇੰਦੂ ਸਿਮਕ ਦੀ ਅਗਵਾਈ ਵਿੱਚ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਮੈਡਮ ਨੀਰਜਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਬਰਜਿੰਦਰਪਾਲ ਸਿੰਘ ਅਤੇ ਸਮੂਹ ਸਟਾਫ ਵੱਲੋਂ ਨਵ ਨਿਯੁਕਤ ਡੀਈਓ ਸੁਨੀਤਇੰਦਰ ਸਿੰਘ ਦਾ ਸਵਾਗਤ ਕੀਤਾ। ਇਸ ਮੌਕੇ ਰਮਨਜੀਤ ਕੌਰ, ਪ੍ਰਿੰਸੀਪਲ ਹਰਜੀਤ ਸਿੰਘ,ਅੰਮ੍ਰਿਤਪਾਲ ਸਿੰਘ ਪਾਲੀ,ਡਿਪਟੀ ਡੀਈਓ ਮੋਗਾ ਹਾਜ਼ਰ ਰਿਹਾ।

# ਸੰਤ ਲੌਂਗਪੁਰੀ ਬ੍ਰਿਲੀਐਂਟ ਸਕੂਲ ਦੇ ਨਵੇਂ ਪ੍ਰਿੰਸੀਪਲ ਨੇ ਅਹੁਦਾ ਸੰਭਾਲਿਆ



ਬਰਨਾਲਾ, 24 ਮਈ (ਅਮਨਦੀਪ ਸਿੰਘ): ਇਲਾਕੇ ਦੀ ਨਾਮਵਰ ਸੰਸਥਾ ਸੰਤ ਲੌਂਗਪੁਰੀ ਬ੍ਰਿਲੀਐਂਟ ਸਕੂਲ ਪੱਖੋ ਕਲਾਂ ਵਿਖੇ ਦੇ ਨਵੇਂ ਪ੍ਰਿੰਸੀਪਲ ਮੈਡਮ ਸੁਮਨ ਸ਼ਰਮਾ ਨੇ ਅੱਜ ਸਕੂਲ ਦੀ ਪ੍ਰਬੰਧਕੀ ਕਮੇਟੀ ਦੀ ਹਾਜਰੀ ਵਿੱਚ ਅਹੁਦਾ ਸੰਭਾਲ ਲਿਆ ਹੈ। ਸੰਸਥਾ ਦੇ ਪ੍ਰਧਾਨ ਬਾਬਾ ਚਰਨਪੁਰੀ ਜੀ, ਮੈਨੇਜਿੰਗ ਡਾਇਰੈਕਟਰ ਮੈਡਮ ਕਰਮਜੀਤ ਕੌਰ ਦੇਵਾ ਜੀ ਨੇ ਤੇ ਸਕੂਲ ਦੀ ਸਮੂਹ ਕਮੇਟੀ ਨੇ ਨਵੇਂ ਪ੍ਰਿੰਸੀਪਲ ਦਾ ਸਵਾਗਤ ਕੀਤਾ ਅਤੇ ਜੀ ਆਇਆ ਆਖਿਆ। ਨਵੇਂ ਪ੍ਰਿੰਸੀਪਲ ਮੈਡਮ ਸੁਮਨ ਸ਼ਰਮਾ ਨੇ ਸਟਾਫ ਮੈਂਬਰ ਤੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਮਨੇਜਮੈਂਟ ਕਮੇਟੀ ਦੀਆਂ ਉਮੀਦਾਂ ’ਤੇ ਹਮੇਸ਼ਾ ਖਰੇ ਉਤਰਨਗੇ ਅਤੇ ਸੰਸਥਾ ਦੀ ਤਰੱਕੀ ਲਈ ਦਿਨ ਰਾਤ ਮਿਹਨਤ ਕਰਨਗੇ। ਉਹਨਾਂ ਕਿਹਾ ਕਿ ਉਹ ਬੱਚਿਆਂ ਦੇ ਸਰਵਪੱਖੀ ਵਿਕਾਸ ’ਤੇ ਫੋਕਸ ਕਰਨਗੇ। ਸੰਸਥਾ ਦੀ ਦਿੱਖ ਨੂੰ ਸੰਵਾਰਨਗੇ। ਉਹਨਾਂ ਨੇ ਪ੍ਰਬੰਧਕੀ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਸੰਸਥਾ ਦੇ ਇਸ ਮੌਕੇ ਸੰਸਥਾ ਦੇ ਸੀਨੀਅਰ ਕੋਆਰਡੀਨੇਟਰ ਮੈਡਮ ਰਣਵੀਰ ਕੌਰ, ਜੂਨੀਅਰ ਕੋਆਰਡੀਨੇਟਰ ਮੈਡਮ ਨਰਿੰਦਰ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।

# “ਅਕਸ਼ਰਕਲਾ”ਹਿੰਦੀ ਕੈਲੀਗ੍ਰਾਫੀ ਗਤੀਵਿਧੀ ਕਰਵਾਈ

ਬਰਨਾਲਾ, 24 ਮਈ (ਹਿਮਾਂਸ਼ੂ ਗਰਗ): ਮਦਰ ਟੀਚਰ ਸਕੂਲ ਬਰਨਾਲਾ ਵਿਖੇ ਹਿੰਦੀ ਭਾਸ਼ਾ ਦੀ ਸੁੰਦਰਤਾ ਨੂੰ ਉਤਸ਼ਾਹਿਤ ਕਰਨ ਅਤੇ ਹੱਥ ਲਿਖਤ ਦੇ ਹੁਨਰ ਨੂੰ ਬਿਹਤਰ ਬਣਾਉਣ ਲਈ, ਤੀਜੀ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ “ਅਕਸ਼ਰਕਲਾ”ਸਿਰਲੇਖ ਵਾਲੀ ਇੱਕ ਹਿੰਦੀ ਕੈਲੀਗ੍ਰਾਫੀ ਗਤੀਵਿਧੀ ਕਰਵਾਈ ਗਈ। ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ, ਅਤੇ ਸੁੰਦਰ ਸਟਰੋਕ ਅਤੇ ਸੁਚੱਜੀ ਪੇਸ਼ਕਾਰੀ ਨਾਲ, ਨੌਜਵਾਨ ਹੱਥਾਂ ਨੇ ਸਧਾਰਨ ਸ਼ਬਦਾਂ ਨੂੰ ਕਲਾ ਦੇ ਕੰਮਾਂ ਵਿੱਚ ਬਦਲ ਦਿੱਤਾ। ਅਧਿਆਪਕਾਂ ਨੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਰੋਜ਼ਾਨਾ ਦੇ ਕੰਮ ਵਿੱਚ ਚੰਗੀ ਹੱਥ ਲਿਖਤ ਬਣਾਈ ਰੱਖਣ ਲਈ ਉਤਸ਼ਾਹਿਤ ਕੀਤਾ। ਇਸ ਸਮਾਗਮ ਨੇ ਹਿੰਦੀ ਲਿਪੀ ਦੀ ਸ਼ਾਨ ਅਤੇ ਸੱਭਿਆਚਾਰਕ ਅਮੀਰੀ ਨੂੰ ਉਜਾਗਰ ਕੀਤਾ।

# CISCE ਜ਼ੋਨਲ ਹਾਕੀ ਟੂਰਨਾਮੈਂਟ ਵਿੱਚ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਦੀਆ ਟੀਮਾਂ ਨੇ ਜਿੱਤ ਦਾ ਝੰਡਾ ਲਹਿਰਾਇਆ




ਜੰਡਿਆਲਾ ਗੁਰੂ, 24 ਮਈ (ਰਾਮ ਸ਼ਰਨਜੀਤ ਸਿੰਘ) : ਬੀਤੇ ਦਿਨੀਂ CISCE ਦੁਆਰਾ ਕਰਵਾਏ ਗਏ ਜ਼ੋਨਲ ਹਾਕੀ ਟੂਰਨਾਮੈਂਟ ਕਰਵਾਇਆ ਗਿਆ ਇਸ ਟੂਰਨਾਮੈਂਟ ਵਿਚ ਅੰਮ੍ਰਿਤਸਰ ਅਤੇ ਤਰਨਤਾਰਨ ਜ਼ਿਲ੍ਹੇ ਦੀਆਂ ਕਈ ਟੀਮਾਂ ਨੇ ਭਾਗ ਲਿਆ। ਇਹ ਟੂਰਨਾਮੈਂਟ ਮੁਕਾਬਲਾ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਦੇ ਖੇਡ ਮੈਦਾਨ ਅੰਦਰ ਆਯੋਜਿਤ ਕੀਤਾ ਗਿਆ। ਇਸ ਦੌਰਾਨ ਉਤੋਂ ਮੌਸਮ ਦੇ ਤੇਜ਼ ਮਿਜਾਜ਼ ਨੇ ਵੀ ਸਮੂਹ ਖਿਡਾਰੀਆਂ ਦੇ ਹੌਸਲੇ ਨੂੰ ਘੱਟ ਨਾ ਕਰ ਸਕਿਆ; ਇੰਟਰਨੈਸ਼ਨਲ ਫ਼ਤਿਹ ਅਕੈਡਮੀ ਦੇ ਵਿਦਿਆਰਥੀਆਂ ਨੇ CISCE ਜ਼ੋਨਲ ਹਾਕੀ ਟੂਰਨਾਮੈਂਟ ਵਿੱਚ ਅਕੈਡਮੀ ਦੀਆਂ 14 ਸਾਲ, 17 ਸਾਲ ਦੀਆਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣੀ ਕਾਬਲੀਅਤ ਦਾ ਲੋਹਾ ਮਨਵਾਂ ਕੇ ਦੂਸਰਾ ਸਥਾਨ ਹਾਸਲ ਕੀਤਾ ਅਤੇ 19 ਸਾਲ ਤੋਂ ਘੱਟ ਉਮਰ ਵਾਲੀ ਹਾਕੀ ਟੀਮ ਆਪਣੀ ਬੇਮਿਸਾਲ ਪ੍ਰਤਿਭਾ ਦਾ ਜੌਹਰ ਦਿਖਾਉਂਦੇ ਹੋਏ ਪਹਿਲਾ ਸਥਾਨ ਤੇ ਰਹੀ। ਇਹ ਜਿੱਤ ਨੌਜਵਾਨ ਖਿਡਾਰੀਆਂ ਦੀ ਮਿਹਨਤ, ਕੋਚਾਂ ਦੀ ਲਗਨ ਅਤੇ ਅਕੈਡਮੀ ਦੀ ਉੱਚ ਦਰਜੇ ਦੀ ਖੇਡ ਟ੍ਰੇਨਿੰਗ ਨੀਤੀ ਦਾ ਨਤੀਜਾ ਹੈ। ਅਕੈਡਮੀ ਦੀਆਂ ਤਿੰਨੋਂ ਟੀਮਾਂ ਨੇ ਆਪਣੇ ਹੌਸਲੇ, ਤਕਨੀਕ ਅਤੇ ਸਮੂਹਿਕ ਯਤਨਾਂ ਰਾਹੀਂ ਹਰ ਮੁਕਾਬਲੇ ਵਿੱਚ ਵਿਰੋਧੀ ਟੀਮ ਨੂੰ ਪਿੱਛੇ ਛੱਡਿਆ।

ਇਸ ਸ਼ਾਨਦਾਰ ਜਿੱਤ ਨਾਲ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਨੇ ਖੇਡ ਜਗਤ ਵਿੱਚ ਆਪਣੀ ਧਾਕ ਜਮਾਈ ਹੈ ਅਤੇ ਹੋਰ ਸਕੂਲਾਂ ਲਈ ਇੱਕ ਪ੍ਰੇਰਣਾ ਬਣੀ ਹੈ। ਇਹ ਸਫਲਤਾ ਸਿਰਫ਼ ਖਿਡਾਰੀਆਂ ਦੀ ਮਿਹਨਤ ਦਾ ਹੀ ਨਤੀਜਾ ਨਹੀਂ, ਸਗੋਂ ਕੋਚਾਂ ਦੀ ਦਿਸ਼ਾ-ਨਿਰਦੇਸ਼ਾਂ ,ਅਕੈਡਮੀ ਦੇ ਵਧੀਆ ਖੇਡ ਢਾਂਚੇ ਅਤੇ ਮਾਪਦੰਡਾਂ ਤੇ ਆਧਾਰਤ ਸਖ਼ਤ ਅਭਿਆਸ ਦਾ ਨਤੀਜਾ ਹੈ। ਟੂਰਨਾਮੈਂਟ ਦੌਰਾਨ ਟੀਮਾਂ ਨੇ ਵਧੀਆ ਸਮਝ, ਤਕਨੀਕ ਅਤੇ ਟੀਮ ਸਪਿਰਟ ਦਾ ਪ੍ਰਦਰਸ਼ਨ ਕਰਦਿਆਂ ਹਰ ਰਾਊਂਡ ਵਿੱਚ ਵਿਰੋਧੀਆਂ ਨੂੰ ਹਾਰ ਮਨਵਾਈ। ਇਸ ਮੌਕੇ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਦੇ ਚੇਅਰਮੈਨ ਸਰਦਾਰ ਜਗਬੀਰ ਸਿੰਘ, ਵਾਈਸ ਚੇਅਰ ਪਰਸਨ ਸ੍ਰੀਮਤੀ ਰਵਿੰਦਰ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਪਰਮਜੀਤ ਕੌਰ ਸੰਧੂ ਵੀ ਹਾਜ਼ਰ ਰਹੇ। ਉਹਨਾਂ ਦੀ ਮੌਜੂਦਗੀ ਨੇ ਵਿਦਿਆਰਥੀਆਂ ਦੇ ਹੌਂਸਲੇ ਨੂੰ ਬੁਲੰਦੀ ਤੇ ਪਹੁੰਚਾਈ ਰੱਖਿਆ। ਜਿਸ ਕਰਕੇ ਉਹ ਆਪਣਾ ਜੇਤੂ ਸਫ਼ਰ ਪੂਰਾ ਕਰਨ ਵਿੱਚ ਕਾਮਯਾਬ ਰਹੇ। ਅਕੈਡਮੀ ਦੀ ਜੇਤੂ ਟੀਮਾਂ ਹੁਣ ਸਟੇਟ ਪੱਧਰ ਤੇ ਖੇਡੇਗੀ। ਇਸ ਮੌਕੇ ਆਪਣੀਆਂ ਟੀਮਾਂ ਨੂੰ ਮੁਬਾਰਕਬਾਦ ਦਿੰਦਿਆਂ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਦੇ ਚੇਅਰਮੈਨ ਸਰਦਾਰ ਜਗਬੀਰ ਸਿੰਘ ਨੇ ਕਿਹਾ ਕਿ ਅਕੈਡਮੀ ਦੀ ਨੌਜਵਾਨ ਟੀਮਾਂ ਨੇ ਜੋ ਜਿੱਤ ਹਾਸਲ ਕੀਤੀ ਹੈ, ਉਹ ਸਿਰਫ਼ ਅਕੈਡਮੀ ਲਈ ਨਹੀਂ, ਸਗੋਂ ਸਾਰਿਆਂ ਲਈ ਮਾਣ ਦੀ ਗੱਲ ਹੈ। ਅਸੀਂ ਆਪਣੇ ਵਿਦਿਆਰਥੀਆਂ ਨੂੰ ਸਨੇਹਾ ਦੇਣਾ ਚਾਹੁੰਦਾ ਹਾਂ ਕਿ ਦਿਸ਼ਾ ਸਹੀ ਹੋਵੇ, ਤਾਂ ਉਮਰ ਕਿਸੇ ਦੀ ਰੁਕਾਵਟ ਨਹੀਂ ਬਣਦੀ। ਤੁਸੀਂ ਸਿਰਫ਼ ਮੈਦਾਨ 'ਚ ਹੀ ਨਹੀਂ, ਜ਼ਿੰਦਗੀ ਦੇ ਹਰ ਖੇਤਰ ਵਿੱਚ ਚਮਕੋ - ਅਸੀਂ ਹਮੇਸ਼ਾ ਤੁਹਾਡੇ ਨਾਲ ਖੜੇ ਰਹਾਂਗੇ। ਇੰਟਰਨੈਸ਼ਨਲ ਫ਼ਤਿਹ ਅਕੈਡਮੀ ਹਰ ਖੇਤਰ ਵਿੱਚ ਨਿੱਤ ਨਵੇਂ ਕੀਰਤੀਮਾਨ ਸਥਾਪਿਤ ਕਰ ਰਹੀ ਹੈ। ਇਸ ਪਿੱਛੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਸਟਾਫ਼ ਦੀ ਸੱਚੀ- ਲਗਨ, ਅਤੇ ਪ੍ਰਬੰਧਕਾਂ ਦੀ ਦੂਰ ਅੰਦੇਸ਼ੀ ਸੋਚ ਦਾ ਬੜਾ ਵੱਡਾ ਹੱਥ ਹੈ। ਵਿਦਿਆਰਥੀਆਂ ਨੂੰ ਹਰ ਸਮੇਂ ਲੋੜੀਂਦੀਆਂ ਸਹੂਲਤਾਂ ਅਤੇ ਸਹੀ ਮਾਰਗਦਰਸ਼ਨ ਪ੍ਰਦਾਨ ਕਰਨਾ ਬਹੁਤ ਅਹਿਮ ਸਥਾਨ ਰੱਖਦਾ ਹੈ। ਅਕੈਡਮੀ ਆਪਣੇ ਸ਼ੁਰੂਆਤੀ ਦਿਨਾਂ ਤੋਂ ਹੀ ਜੋ ਅਹਿਦ ਕਰਕੇ ਚੱਲੀ ਸੀ, ਅੱਜ ਵੀ ਉਸ ਤੇ ਹੀ ਖੜੀ ਹੈ ਅਤੇ ਆਪਣੇ ਦੇਸ਼ ਅਤੇ ਸਮਾਜ ਦੀ ਝੋਲੀ ਵਿੱਚ ਵਧੀਆ ਖਿਡਾਰੀ, ਨਰੋਏ ਸਮਾਜ ਦੀ ਸਿਰਜਣਾ ਕਰਨ ਵਾਲੇ ਨੇਕ ਇਨਸਾਨ ਪੈਦਾ ਕਰਨ ਲਈ ਤੱਤਪਰ ਹੈ। ਇੱਥੇ ਇਹ ਬੜੀ ਮਾਣ ਵਾਲੀ ਗੱਲ ਹੈ ਕਿ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਦੀ 19 ਸਾਲ ਤੋਂ ਘੱਟ ਉਮਰ ਵਰਗ ਦੀ ਹਾਕੀ ਟੀਮ ਪਿਛਲੇ ਤਿੰਨਾਂ ਸਾਲਾਂ ਤੋਂ ਲਗਾਤਾਰ ਨੈਸ਼ਨਲ ਪੱਧਰ ਦੀ ਜੇਤੂ ਰਹੀ ਹੈ ਅਤੇ ਪੂਰੀ ਉਮੀਦ ਹੈ ਕਿ ਐਤਕੀਂ ਵੀ ਟੀਮ ਜੇਤੂ ਬਣ ਕੇ ਹੀ ਰਹੇਗੀ। ਪਿਛਲੇ ਸਾਲ ਦੀ ਜੇਤੂ ਟੀਮ ਵਿੱਚ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਦੀ ਟੀਮ ਦੇ ਛੇ ਵਿਦਿਆਰਥੀ ਸਕੂਲ ਗੇਮਸ ਵਿੱਚ ਭਾਗ ਲੈਣ ਵਾਲੀ ਟੀਮ ਦੇ ਮੈਂਬਰ ਸਨ।

## ਸੱਚ ਖੰਡ ਬੱਲਾਂ ਜਲੰਧਰ ਵਿਖੇ ਸੰਤ ਰਾ ਸਮਾਨੰਦ ਮਹਾਰਾਜ ਜੀ ਦਾ 16 ਸ਼ਹੀਦੀ ਦਿਹਾੜਾ ਮਨਾਉਣ ਲਈ ਬਠਿੰਡੇ ਤੋਂ ਸਾਧ ਸੰਗਤਾਂ ਦੀਆਂ 5 ਬੱਸਾਂ ਰਵਾਨਾ




ਬਠਿੰਡਾ, 24 ਮਈ (ਇੰਦਰਪਾਲ ਬਾਂਸਲ) : ਅੱਜ ਬਠਿੰਡਾ ਤੋਂ ਡੇਰਾ ਸੱਚ ਖੰਡ ਬੱਲਾਂ ਜਲੰਧਰ ਵਿਖੇ ਸੰਤ ਰਾਮਾਨੰਦ ਜੀ ਮਹਾਰਾਜ ਜੀ ਦਾ 16 ਵਾਂ ਸ਼ਹੀਦੀ ਦਿਹਾੜਾ ਮਨਾਉਣ ਲਈ ਬਠਿੰਡਾ ਤੋਂ ਸ੍ਰੀ ਪ੍ਰਲਾਦ ਅਲੋਰੀਆ, ਪ੍ਰਦੀਪ ਸੋਨੂ,ਗੋਰੀ ਸ਼ੰਕਰ, ਮਹਿੰਦਰ ਪਾਲ ਅਤੇ ਸਮੂਹ ਸੰਗਤਾਂ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਸ੍ਰੀ ਪ੍ਰਦੀਪ ਸੋਨੂ ਨੇ ਦੱਸਿਆ ਕਿ ਹਰ ਸਾਲ ਦੀ ਤਰਾਂ ਇਸ ਸਾਲ ਵੀ 24-5-2025 ਨੂੰ ਸਾਧ ਸੰਗਤਾਂ ਦੀਆਂ 5 ਬੱਸਾਂ ਰਵਾਨਾ ਕੀਤੀਆਂ ਪ੍ਰਬੰਧਕ ਵੱਲੋਂ ਸ੍ਰੀ ਪ੍ਰਲਾਦ ਅਲੋਰੀਆ ਐਸ ਡੀ ਉ ਨਗਰ ਨਿਗਮ, ਮਹਿੰਦਰ ਪਾਲ, ਪ੍ਰਦੀਪ ਸੋਨੂ ਅਤੇ ਮੁੱਖ ਸਖਸ਼ੀਅਤ ਨੂੰ ਸਨਮਾਨਿਤ ਕੀਤਾ ਇਸ ਮੌਕੇ ਮਹਿੰਦਰ ਪਾਲ ਨੇ ਪ੍ਰਦੀਪ ਸੋਨੂ ਨੂੰ ਸਨਮਾਨਿਤ ਕੀਤਾ ਅਤੇ ਪ੍ਰਬੰਧਕਾਂ ਨੇ ਪਾਂਝਾਵਾ ਫਗਵਾੜਾ , ਖੁਰਾਲਗੜ੍ਹ , ਰਸ ਸੱਚਖੰਡ ਬੱਲੇਂ ਜਲੰਧਰ ਤੀਰਥ ਸਥਾਨਾਂ ਦੇ ਦਰਸ਼ਨ ਕਰਵਾਏ ਇਸ ਮੌਕੇ ਗੋਰੀ ਸ਼ੰਕਰ, ਪ੍ਰਦੀਪ ਸੋਨੂ ਪ੍ਰਲਾਦ ਅਲੋਰੀਆ, ਮਹਿੰਦਰ ਪਾਲ,ਚੰਦਰ ਕਾਂਤਾ ਅਤੇ ਸਮੂਹ ਸੰਗਤਾਂ ਹਾਜ਼ਰ ਸੀ।

## ਸਕੂਲਾਂ 'ਚ ਉਸਾਰੂ ਮਾਹੌਲ ਸਿਰਜਣ ਲਈ ਮਾਨ ਸਰਕਾਰ ਨੇ ਚਲਾਈ ਸਿੱਖਿਆ ਕ੍ਰਾਂਤੀ ਮੁਹਿਮ : ਚੇਅਰਮੈਨ ਢਿੱਲੋਂ



ਧੂਰੀ, 24 ਮਈ (ਰਣਜੀਤ ਸਿੰਘ ਪੇਧਨੀ) : ਪੰਜਾਬ ਸਿੱਖਿਆ ਕ੍ਰਾਂਤੀ, ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਰੁਸ਼ਨਾਉਣ ਲਈ ਅਹਿਮ ਜ਼ਰੀਆ ਸਾਬਤ ਹੋ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਕੈਂਪਸ ਇੰਚਾਰਜ ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕੀਤਾ। ਉਹ ਅੱਜ ਪਿੰਡ ਬਾਲੀਆਂ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਹਾਈ ਸਮਾਰਟ ਸਕੂਲ ਬਾਲੀਆਂ ਦੇ ਪ੍ਰਿੰਸੀਪਲ ਰਜੀਵ ਕੁਮਾਰ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਬਾਲੀਆਂ ਦੇ ਹੈਡ ਟੀਚਰ ਮਨਜੀਤ ਸਿੰਘ ਦੀ ਅਗਵਾਈ ਹੇਠ ਦੋਵਾਂ ਸਕੂਲਾਂ ਵਿੱਚ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਦੇ ਲਈ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਮੁਹਿੰਮ ਯੋਜਨਾਬੱਧ ਤਰੀਕੇ ਨਾਲ ਚਲਾਈ ਜਾ ਰਹੀ ਹੋ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਅਜਿਹਾ ਉਸਾਰੂ ਮਾਹੌਲ ਸਿਰਜਿਆ ਜਾ ਸਕੇ ਜਿਸ ਨਾਲ ਨਵੇਂ ਦਾਖ਼ਲਿਆਂ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖ਼ਲ ਕਰਵਾਉਣ ਲਈ ਉਡੀਕ ਨਾ ਕਰਨੀ ਪਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਸਿੱਖਿਆ ਨੂੰ ਅੰਤਰ ਰਾਸ਼ਟਰੀ ਵਿੱਦਿਅਕ ਸੰਸਥਾਵਾਂ ਦੇ ਹਾਣੀ ਬਣਾਉਣ ਲਈ ਕਲਾਸਰੂਮ, ਬੁਨਿਆਦੀ ਢਾਂਚਾ ਅਤੇ ਡਿਜੀਟਲ ਸਿਖਲਾਈ ਸਹੂਲਤਾਂ ਦਾ ਆਧੁਨਿਕੀਕਰਨ ਕੀਤਾ ਗਿਆ ਹੈ। ਇਸ ਮੌਕੇ ਸਿੱਖਿਆ ਕੋਆਰਡੀਨੇਟਰ ਦਰਸ਼ਨ ਸਿੰਘ ਪਾਠਕ, ਹਰਮਨਜੀਤ ਸਿੰਘ, ਹਰਵਿੰਦਰ ਕੌਰ, ਅਮਰਜੀਤ ਸਿੰਘ, ਮਨਜੀਤ ਕੌਰ, ਅਲਪਨਾ ਸਿੰਗਲਾ, ਨਾਜਰ ਸਿੰਘ, ਸਰਪੰਚ ਕੁਲਦੀਪ ਸਿੰਘ,ਅਮਨਿੰਦਰ ਸਿੰਘ, ਰੰਜੂ ਬਾਲਾ, ਸੁਖਵੰਤ ਸਿੰਘ, ਮਨਪ੍ਰੀਤ ਸਿੰਘ ਸਲੇਮਪੁਰ, ਗਿੰਨੀ ਸਲੇਮਪੁਰ, ਗੁਲਾਬ ਸਿੰਘ ਹਾਜਰ ਸਨ।

# ਯੁੱਧ ਨਸ਼ਿਆਂ ਵਿਰੁੱਧ ਮੋਰਚੇ ਦੇ ਮਾਲਵਾ ਪੂਰਬੀ ਜ਼ੋਨ ਦੇ ਕੋਆਰਡੀਨੇਟਰ ਜਗਦੀਪ ਸਿੰਘ ਜੱਗਾ ਵੱਲੋਂ ਹਲਕਾ ਸੁਨਾਮ ਦੇ ਪਿੰਡਾਂ ਵਿੱਚ ਡਿਫੈਂਸ ਕਮੇਟੀਆਂ ਨਾਲ ਮੀਟਿੰਗਾਂ

## ਨਸ਼ਾ ਮੁਕਤੀ ਯਾਤਰਾ ਲੋਕ ਲਹਿਰ ਬਣਨ ਲੱਗੀ : ਜਗਦੀਪ ਸਿੰਘ ਜੱਗਾ



ਸੁਨਾਮ, 24 ਮਈ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) : ਯੁੱਧ ਨਸ਼ਿਆਂ ਵਿਰੁੱਧ ਮੋਰਚੇ ਦੇ ਮਾਲਵਾ ਪੂਰਬੀ ਜ਼ੋਨ ਦੇ ਕੋਆਰਡੀਨੇਟਰ ਅਤੇ ਪਟਿਆਲਾ ਦੇ ਡਿਪਟੀ ਮੇਅਰ ਸ. ਜਗਦੀਪ ਸਿੰਘ ਜੱਗਾ ਨੇ ਨਸ਼ਾ ਮੁਕਤੀ ਯਾਤਰਾ ਤਹਿਤ ਹਲਕਾ ਸੁਨਾਮ ਦੇ ਪਿੰਡਾਂ ਗੱਗੜਪੁਰ ਅਤੇ ਖੇੜੀ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਨੂੰ ਹਰ ਘਰ ਤੱਕ ਪਹੁੰਚਾਇਆ ਜਾ ਰਿਹਾ ਹੈ ਤਾਂ ਜੋ ਨਸ਼ਿਆਂ ਦਾ ਸੂਬੇ 'ਚੋਂ ਮੁਕੰਮਲ ਖ਼ਾਤਮਾ ਕੀਤਾ ਜਾ ਸਕੇ।

ਸ. ਜਗਦੀਪ ਸਿੰਘ ਜੱਗਾ ਨੇ ਕਿਹਾ ਕਿ ਇਸ ਮੁਹਿੰਮ ਨੂੰ ਸ਼ੁਰੂ ਕਰਨ ਦਾ ਮੁੱਖ ਮਕਸਦ ਸੂਬੇ 'ਚ ਨਸ਼ਿਆਂ ਖ਼ਿਲਾਫ਼ ਲੋਕ ਲਹਿਰ ਪੈਦਾ ਕਰਨਾ ਹੈ, ਜਿਸ ਨੂੰ ਵੱਡੀ ਸਫਲਤਾ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਛੱਡਣ ਵਾਲੇ ਵਿਅਕਤੀਆਂ ਦੇ ਇਲਾਜ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ, ਲੋੜ ਹੈ ਇਨ੍ਹਾਂ ਵਿਅਕਤੀਆਂ ਨੂੰ ਇਲਾਜ ਲਈ ਪ੍ਰੇਰਿਤ ਕਰਨ ਦੀ ਜੋ ਹਲਕਾ ਕੁਆਰਡੀਨੇਟਰ ਆਪਣੀ ਟੀਮ ਨਾਲ ਘਰ ਘਰ ਜਾ ਕੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਨਸ਼ੇ ਦੇ ਖ਼ਾਤਮੇ ਲਈ ਜ਼ਰੂਰੀ ਹੈ ਕਿ ਇਸ ਦੀ ਸਪਲਾਈ ਲਾਈਨ ਨੂੰ ਤੋੜਿਆ ਜਾਵੇ ਇਸ ਲਈ ਪਿੰਡ ਜਾ ਮੁਹੱਲੇ ਵਿੱਚ ਜੇਕਰ ਕੋਈ ਨਸ਼ਾ ਵੇਚਦਾ ਹੈ ਤਾਂ ਇਸ ਦੀ ਸੂਚਨਾ ਪੁਲਿਸ ਨੂੰ ਦੇਣ ਲਈ ਹਲਕਾ ਤੇ ਜ਼ਿਲ੍ਹਾ ਕੁਆਰਡੀਨੇਟਰ ਆਪਣੀ ਪੂਰੀ ਟੀਮ ਨਾਲ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ ਹਨ।

ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਚਲਾਈ ਜਾ ਰਹੀ ਨਸ਼ਾ ਮੁਕਤੀ ਯਾਤਰਾ ਹੁਣ ਲੋਕ ਲਹਿਰ ਦੇ ਰੂਪ ਵਿੱਚ ਵਧ ਫੁੱਲ ਰਹੀ ਹੈ। ਉਹਨਾਂ ਕਿਹਾ ਕਿ ਕਿਸੇ ਮੁਹਿੰਮ ਦਾ ਲੋਕ ਲਹਿਰ ਵਜੋਂ ਵਿਕਸਿਤ ਹੋਣਾ ਇਸ ਗੱਲ ਦਾ ਸੰਕੇਤ ਹੈ ਕਿ ਲੋਕ ਤਨ-ਮਨ ਨਾਲ ਸਰਕਾਰ ਦੇ ਨਾਲ ਖੜ੍ਹੇ ਹਨ ਅਤੇ ਨਸ਼ਿਆਂ ਵਰਗੀ ਭਿਆਨਕ ਸਮਾਜਿਕ ਬੁਰਾਈ ਦਾ ਖ਼ਾਤਮਾ ਕਰਨ ਲਈ ਦ੍ਰਿੜ ਹਨ। ਸੂਬੇ ਵਿੱਚ ਵੱਡੀ ਗਿਣਤੀ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ 'ਤੇ ਬੁਲਡੋਜ਼ਰ ਚਲਾਇਆ ਜਾ ਚੁੱਕਾ ਹੈ ਜੋ ਕਿ ਲੋਕ ਹਿਤ ਵਿੱਚ ਸਰਕਾਰ ਦੀ ਵੱਡੀ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਕੋਈ ਸਿਆਸੀ ਯਾਤਰਾ ਨਹੀਂ ਹੈ, ਬਲਕਿ ਇੱਕ ਸਮਾਜਿਕ ਸੰਕਲਪ ਹੈ ਅਤੇ ਉਹ ਸਮਾਜ ਦੇ ਹਰ ਵਰਗ, ਹਰ ਪੰਚਾਇਤ, ਹਰ ਨੌਜਵਾਨ, ਹਰ ਮਾਤਾ-ਪਿਤਾ ਨੂੰ ਅਪੀਲ ਕਰਦੇ ਹਨ ਕਿ ਇਸ ਅੰਦੋਲਨ ਨਾਲ ਜੁੜ ਕੇ ਇਸ ਨੂੰ ਸਫਲਤਾ ਦਾ ਜਾਮਾ ਪਹਿਨਾਇਆ ਜਾਵੇ।

ਇਸ ਮੌਕੇ ਹਾਜ਼ਰੀਨ ਨੂੰ ਨਸ਼ਿਆਂ ਖ਼ ?ਲਾਫ਼ ਸਹੁੰ ਵੀ ਚੁਕਾਈ ਗਈ। ਇਸ ਮੌਕੇ ਐਸ.ਡੀ.ਐਮ. ਸੰਗਰੂਰ ਚਰਨਜੋਤ ਸਿੰਘ ਵਾਲੀਆ, ਜ਼ਿਲ੍ਹਾ ਕੋਆਰਡੀਨੇਟਰ ਲਵਦੀਪ ਸ਼ਰਮਾ, ਪੀ.ਏ.ਸੰਜੀਵ ਕੁਮਾਰ, ਐੱਸ.ਐਮ.ਓ. ਡਾ. ਮਾਨੇਤਾ, ਬੀ.ਡੀ.ਪੀ.ਓ. ਗੁਰਸ਼ਰਨ ਸਿੰਘ, ਅਵਤਾਰ ਸਿੰਘ ਈਲਵਾਲ ਚੇਅਰਮੈਨ, ਐੱਸ.ਐੱਚ.ਓ. ਅਵਤਾਰ ਸਿੰਘ, ਕੁਲਵਿੰਦਰ ਸਿੰਘ, ਧਨਵੰਤ ਸਿੰਘ, ਗੁਰਮੇਲ ਸਿੰਘ, (ਸਾਰੇ ਸਰਪੰਚ) ਤੇਜਪ੍ਰਤਾਪ ਸਿੰਘ, ਸੰਦੀਪ ਦੁੱਗਾਂ, ਕੁਲਬੀਰ ਸਿੰਘ, ਬਲਵਿੰਦਰ ਸਿੰਘ, ਮਨਦੀਪ ਸਿੰਘ, ਗੁਰਿੰਦਰਪਾਲ ਖੇੜੀ, ਬਲਜਿੰਦਰ ਸਿੰਘ ਈਲਵਾਲ, ਦਲਜੀਤ ਸਿੰਘ ਕੰਮੋਮਾਜਰਾ ਕਲਾਂ, ਜੀਤ ਸਿੰਘ ਕੰਮੋਮਾਜਰਾ ਕਲਾਂ, ਨਰਿੰਦਰ ਸਿੰਘ ਪੰਚ, ਮਨਦੀਪ ਸਿੰਘ ਈਲਵਾਲ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

## ਸਕੂਲ 'ਚ ਵੱਖ-ਵੱਖ ਬਿਮਾਰੀਆਂ ਸੰਬੰਧੀ ਜਾਗਰੂਕਤਾ ਸੈਮੀਨਾਰ ਅਤੇ ਮੈਡੀਕਲ ਕੈਂਪ ਲਗਾਇਆ



ਭਗਤਾ ਭਾਈ ਕਾ, 24 ਮਈ (ਸਵਰਨ ਸਿੰਘ ਭਗਤਾ) : ਸਥਾਨਕ ਸ਼ਹਿਰ ਵਿਖੇ ਸਥਿਤ ਨਾਮਵਰ ਵਿੱਦਿਅਕ ਸੰਸਥਾ ਸੀ.ਐੱਸ.ਐੱਸ ਗੁਰੂ ਕਾਸ਼ੀ ਪਬਲਿਕ ਸਕੂਲ ਹਮੇਸ਼ਾ ਹੀ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਉਹਨਾਂ ਦੀ ਸਿਹਤ ਪ੍ਰਤੀ ਵੀ ਜਾਗਰੂਕ ਕਰਦਾ ਰਹਿੰਦਾ ਹੈ ਤਾਂ ਜੋ ਵਿਦਿਆਰਥੀ ਹਮੇਸ਼ਾ ਤੰਦਰੁਸਤ ਰਹਿਣ। ਇਸੇ ਕੜੀ ਤਹਿਤ ਸਕੂਲ ਦੇ ਪ੍ਰਿੰਸੀਪਲ ਰਮਨ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਵਿਖੇ 5 ਰਿਵਰਜ਼ ਹਾਰਟ ਐਸੋਸੀਏਸ਼ਨ ਦੇ ਫਾਊਂਡਰ ਡਾਕਟਰ ਸਵੈਮਾਨ ਸਿੰਘ ਦੀ ਟੀਮ ਵੱਲੋਂ ਸਕੂਲ ਦੇ ਵਿਦਿਆਰਥੀਆਂ ਦਾ ਵੱਖ ਵੱਖ ਬਿਮਾਰੀਆਂ ਨਾਲ ਸੰਬੰਧਿਤ ਮੈਡੀਕਲ ਚੈੱਕਅਪ ਕੀਤਾ ਗਿਆ ਅਤੇ ਬਿਮਾਰੀ ਹੋਣ ਦੇ ਕਾਰਨ ਬਿਮਾਰੀ ਦੇ ਲੱਛਣ ਉਸ ਦੀ ਰੋਕਥਾਮ ਅਤੇ ਇਲਾਜ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸੈਮੀਨਾਰ ਰਾਹੀਂ ਦਿੱਤੀ ਗਈ।ਇਸ ਮੌਕੇ ਮਾਹਿਰ ਡਾਕਟਰਾਂ ਵੱਲੋਂ ਬੱਚਿਆਂ ਨੂੰ ਸ਼ੂਗਰ ਵਾਲੇ ਡਰਿੰਕਸ ਮਿਠਾਈਆਂ, ਫੈਟੀਮੀਟ ਅਤੇ ਨਮਕੀਨ ਜਾਂ ਬਹੁਤ ਜਿਆਦਾ ਪ੍ਰੋਸੈਸਡ ਭੋਜਨ ਨਾ ਖਾਣ ਦੀ ਸਲਾਹ ਦਿੱਤੀ। ਉਹਨਾਂ ਆਖਿਆ ਕਿ ਨਮਕ, ਖੰਡ ਅਤੇ ਚਿੱਟਾ ਆਟਾ ਜਿਸ ਨੂੰ ਅਸੀਂ ਮੈਦਾ ਵੀ ਆਖਦੇ ਹਾਂ ਸਾਡੇ ਸਰੀਰ ਲਈ ਜਹਿਰ ਸਮਾਨ ਹਨ ਇਹਨਾਂ ਦੀ ਘੱਟ ਤੋਂ ਘੱਟ ਵਰਤੋਂ ਕਰੋ।ਉਹਨਾਂ ਨੇ ਵਿਦਿਆਰਥੀਆਂ ਨੂੰ ਉੱਚ ਪ੍ਰੋਟੀਨ ਅਤੇ ਘੱਟ ਚਰਬੀ ਵਾਲੀ ਖੁਰਾਕ ਦਾ ਸੇਵਨ ਜਿਵੇਂ ਹਰੀਆਂ ਸਬਜ਼ੀਆਂ, ਫਲ-ਫਰੂਟ, ਦੁੱਧ, ਦਹੀ ਆਦਿ ਆਪਣੀ ਰੋਜਾਨਾ ਦੀ ਖੁਰਾਕ ਵਿੱਚ ਸ਼ਾਮਿਲ ਕਰਨ ਲਈ ਕਿਹਾ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਜੈ ਸਿੰਘ ਨੇ ਆਏ ਹੋਏ ਡਾਕਟਰ ਸਾਹਿਬਾਨ ਨੂੰ ਜੀ ਆਇਆਂ ਆਖਿਆ ਅਤੇ ਉਹਨਾਂ 5 ਰਿਵਰਜ਼ ਹਾਰਟ ਐਸੋਸੀਏਸ਼ਨ ਦੇ ਇਸ ਨੇਕ ਉਪਰਾਲੇ ਦੀ ਭਰਭੂਰ ਸ਼ਲਾਘਾ ਕੀਤੀ। ਉਹਨਾਂ ਆਖਿਆ ਕਿ ਸਹੀ ਸਲਾਹ ਅਤੇ ਸਮੇਂ ਸਿਰ ਸਰੀਰਕ ਜਾਂਚ ਸਾਨੂੰ ਬਿਮਾਰੀਆਂ ਤੋਂ ਬਚਾ ਸਕਦੀ ਹੈ। ਅੰਤ ਵਿੱਚ ਪ੍ਰਿੰਸੀਪਲ ਰਮਨ ਕੁਮਾਰ ਨੇ ਆਏ ਹੋਏ ਮਾਹਿਰ ਡਾਕਟਰਾਂ ਦੀ ਟੀਮ ਜਿਸ ਵਿੱਚ ਅੰਮ੍ਰਿਤਪਾਲ ਸਿੰਘ. ਗੁਰਸਿਮਰਨ ਸਿੰਘ, ਮਿਸ ਨਵਜੋਤ ਕੌਰ, ਡਾਕਟਰ ਸਾਜਿਲ ਗੋਇਲ, ਡਾਕਟਰ ਮਨਿੰਦਰ ਸਿੰਘ, ਡਾਕਟਰ ਅਪਿੰਦਰਵੀਰ ਕੌਰ, ਡਾਕਟਰ ਮੀਤ ਸਿੰਘ, ਡਾਕਟਰ ਇਸਪ੍ਰੀਤ ਸਿੰਘ, ਡਾਕਟਰ ਹਰਕਵਲ ਸਿੰਘ, ਡਾਕਟਰ ਪਰਨੀਤ ਕੌਰ, ਅਤੇ ਜਗਜਪ੍ਰੀਤ ਕੌਰ ਮੈਡੀਕਲ ਸਟਾਫ ਦਾ ਦਿਲੋਂ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਬੱਚਿਆਂ ਦੀ ਤੰਦਰੁਸਤੀ ਲਈ ਅਜਿਹੇ ਕੈਂਪ ਲਗਾਏ ਜਾਣ ਦੀ ਗੱਲ ਆਖੀ। ਕੈਂਪ ਦੀ ਸਮਾਪਤੀ ਉਪਰੰਤ ਸਕੂਲ ਵੱਲੋਂ ਆਏ ਹੋਏ ਡਾਕਟਰ ਸਾਹਿਬਾਨ ਨੂੰ ਇਕ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।

## ਬਾਣੀ ਗੁਰੂ ਹੈ ਜੋ ਸਾਡੇ ਨਾਲ ਹਮੇਸ਼ਾ ਰਹਿੰਦੀ ਹੈ : ਜਥੇਦਾਰ ਗੜਗੱਜ



ਬਰੇਟਾ, 24 ਮਈ (ਨਰਿੰਦਰ ਬਾਂਸਲ, ਵਿਨੋਦ ਸਿੰਗਲਾ) : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ 'ਖੁਆਰ ਹੋਏ ਸਭ ਮਿਲੈਂਗੇ' ਮੁਹਿੰਮ ਤਹਿਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਪਿੰਡ ਬਹਾਦਰਪੁਰ ਵਿਖੇ ਪੁੱਜੇ। ਉਨ੍ਹਾਂ ਇੱਥੇ ਲੰਗਰ ਹਾਲ ਦਾ ਨੀਂਹ ਪੱਥਰ ਰੱਖਿਆ। ਜਥੇਦਾਰ ਗੜਗੱਜ ਨੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਬਾਣੀ ਗੁਰੂ ਹੈ, ਜੋ ਸਾਡੇ ਨਾਲ ਹਮੇਸ਼ਾ ਰਹਿੰਦੀ ਹੈ ਅਤੇ ਹਰ ਸਿੱਖ ਦਾ ਫਰਜ਼ ਬਣਦਾ ਹੈ ਕਿ ਗੁਰੂ ਵਾਲਾ ਬਣਕੇ ਗੁਰੂ ਦੇ ਲੜ ਲੱਗੇ। ਉਨ੍ਹਾਂ ਕਿਹਾ ਕਿ ਸਾਡੀ ਇਹ ਡਿਊਟੀ ਹੈ ਕਿ ਵੱਧ ਤੋਂ ਵੱਧ ਪ੍ਰਚਾਰ ਕਰਕੇ ਪ੍ਰਾਣੀਆਂ ਨੂੰ ਗੁਰੂ ਦੇ ਲੜ ਲਾਉਣ। ਸ੍ਰੀ ਕਲਗੀਧਰ ਪਾਤਸ਼ਾਹ ਨੂੰ ਲੋਕਾਈ ਐਂਵੇਂ ਗੁਰੂ ਨਹੀਂ ਮੰਨਦੀ, ਉਨ੍ਹਾਂ ਆਪਣੇ ਪੁੱਤ ਸ਼ਹੀਦ ਕਰਵਾਕੇ ਸਾਨੂੰ ਸਰਦਾਰੀ ਬਖ਼ਸ਼ੀ ਹੈ ਜਿਸ ਲਈ ਗੁਰੂ ਦਾ ਸਾਡੇ ਸਿਰ 'ਤੇ ਕਰਜ਼ ਹੈ ਅਤੇ ਉਹ ਕਰਜ਼ ਗੁਰੂ ਦੇ ਲੜ ਲੱਗਕੇ ਅਤੇ ਸ਼ਬਦ ਬਾਣੀ ਨੂੰ ਗੁਰੂ ਮੰਨਕੇ ਹੀ ਉਤਾਰਿਆ ਜਾ ਸਕਦਾ ਹੈ। ਸਾਨੂੰ ਗੁਰੂਆਂ ਨੇ ਨਫਰਤ ਨਹੀਂ ਸਿਖਾਈ ਸਗੋਂ ਮਨੁੱਖਾਂ ਦੀ ਭਲਾਈ ਲਈ ਏਕਤਾ ਅਤੇ ਪਿਆਰ ਕਰਨ ਦਾ ਰਾਹ ਦੱਸਿਆ ਹੈ। ਉਨ੍ਹਾਂ ਕਿਹਾ ਕਿ ਵੱਡੇ ਪੱਧਰ 'ਤੇ ਹੋ ਰਿਹਾ ਧਰਮ ਪਰਿਵਰਤਨ ਚਿੰਤਾ ਦਾ ਵਿਸ਼ਾ ਹੈ। ਸਾਨੂੰ ਹਮੇਸ਼ਾ ਲੋੜਵੰਦਾਂ ਦੀ ਮਦਦ ਕਰਨੀ ਚਾਹੀਦੀ ਹੈ। ਮਾਤਾਵਾਂ ਨੂੰ ਆਪਣੇ ਬੱਚਿਆਂ ਨੂੰ ਗੁਰ ਇਤਿਹਾਸ ਸੁਣਾਕੇ ਪੱਕੇ ਕਰਨਾ ਚਾਹੀਦਾ ਹੈ। ਸਾਨੂੰ ਆਪਣੀ ਮਿੱਟੀ ਨਾਲ ਜੁੜਕੇ ਜੀਵਨ ਬਤੀਤ ਕਰਨਾ ਚਾਹੀਦਾ ਹੈ। ਇਸ ਮੌਕੇ ਜਥੇਦਾਰ ਸੁਖਦੇਵ ਸਿੰਘ ਦਿਆਲਪੁਰਾ, ਜਥੇਦਾਰ ਬਲਦੇਵ ਸਿੰਘ ਸਿਰਸੀਵਾਲਾ, ਬਲਵਿੰਦਰ ਸਿੰਘ ਪਟਵਾਰੀ, ਜਸਵੀਰ ਸਿੰਘ ਲੌਂਗੋਵਾਲ, ਅਮ੍ਰਿਤਪਾਲ ਸਿੰਘ ਲੌਂਗੋਵਾਲ, ਸੁਖਚੈਨ ਸਿੰਘ ਅਤਲਾ, ਬਾਬਾ ਕਰਮਜੀਤ ਸਿੰਘ, ਬਾਬਾ ਧਰਮ ਸਿੰਘ, ਰਾਮਲਾਜ ਸਿੰਘ, ਬੁੱਧ ਸਿੰਘ, ਗੁਰਜੀਤ ਸਿੰਘ (ਸਾਰੇ ਸਾਬਕਾ ਸਰਪੰਚ), ਭਾਈ ਸੁਰਿੰਦਰ ਸਿੰਘ ਮੰਡੇਰ, ਮਾਸਟਰ ਮੇਲਾ ਸਿੰਘ ਮੰਡੇਰ, ਗੁਰਮੀਤ ਸਿੰਘ ਬਹਾਦਰਪੁਰ, ਚਰਨਜੀਤ ਸਿੰਘ ਪ੍ਰਧਾਨ, ਗੁਰਮੀਤ ਸਿੰਘ ਖਜ਼ਾਨਚੀ ਤੋਂ ਇਲਾਵਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀ ਸੰਗਤ ਹਾਜ਼ਰ ਸੀ।

## ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬੱਚੇ ਕੀਤੇ ਸਨਮਾਨਤ



ਮੂਨਕ, 24 ਮਈ (ਸਮਸ਼ੇਰ ਸਿੰਘ ਭੁਟਾਲ) : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਲਰਾਂ ਵਿਚ ਦਸਵੀਂ ਬੋਰਡ ਦੀਆਂ ਪ੍ਰੀਖਿਆਵਾਂ ਵਿਚ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਨ ਲਈ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਦੀ ਜਾਣਕਾਰੀ ਦਿੰਦੇ ਹੋਏ ਪੰਜਾਬੀ ਅਧਿਆਪਕ ਬਲਵਿੰਦਰ ਸਿੰਘ ਅਤੇ ਕੰਪਿਊਟਰ ਅਧਿਆਪਕ ਭਵਦੀਪ ਸਿੰਘ ਨੇ ਦੱਸਿਆ ਕਿ ਪਿੰਡ ਦੇ ਐਨ.ਆਰ.ਆਈ. ਦਰਸ਼ਨ ਸਿੰਘ ਕੈਨੇਡਾ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਸਵੀਂ ਵਿੱਚੋ 93.5 % ਅੰਕਾਂ ਨਾਲ ਪਹਿਲੀ ਪੁਜੀਸ਼ਨ ਹਾਸਿਲ ਕਰਨ ਵਾਲੀ ਲਵਲੀਨ ਸ਼ਰਮਾ ਦਾ 6000 ਰੁਪਏ ਅਤੇ ਟਰਾਫੀ ਨਾਲ ਸਨਮਾਨ ਕੀਤਾ ਗਿਆ। ਇਸ ਤੋਂ ਬਿਨਾ ਦਸਵੀਂ ਵਿੱਚੋ 90 % ਅੰਕਾਂ ਨਾਲ ਦੂਸਰਾ ਸਥਾਨ ਰਜਨੀ ਸ਼ਰਮਾ ਨੂੰ 2500 ਰੁਪਏ ਨਾਲ਼ , 88% ਅੰਕ ਹਾਸਿਲ ਕਰਨ ਵਾਲੇ ਦੀਪਕ ਸਿੰਘ ਨੂੰ 1500 ਰੁਪਏ ਨਾਲ਼ ਸਨਮਾਨਿਤ ਕੀਤਾ ; ਦਰਸ਼ਨ ਸਿੰਘ ਕਨੈਡਾ ਦੇ ਪਿਤਾ ਲਾਭ ਸਿੰਘ ਸੈਣੀ, ਮਾਤਾ ਸੁਰਜੀਤ ਕੌਰ, ਸਿਮਰਨ ਕੌਰ ਭਤੀਜੀ ਤੇ ਅੰਮ੍ਰਿਤ ਸਿੰਘ ਭਤੀਜਾ ਸਨਮਾਨਿਤ ਕਰਨ ਲਈ ਆਏ ; ਸਕੂਲ ਮੁਖੀ ਬੂਟਾ ਸਿੰਘ ਨੇ ਬੱਚਿਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਇੱਕ ਸਾਨੂੰ ਇਹਨਾਂ ਬੱਚਿਆਂ ਤੋ ਪ੍ਰੇਰਨਾ ਲੇ ਕੇ ਜਿੰਦਗੀ ਵਿੱਚ ਅੱਗੇ ਵਧਣਾ ਚਾਹੀਦਾ ਹੈ ਅਤੇ ਆਪਣੇ ਮੁਕਾਮ ਨੂੰ ਹਾਸਲ ਕਰਨ ਲਈ ਲਗਾਤਾਰ ਕਿਤਾਬਾਂ ਨਾਲ ਸਾਂਝ ਰੱਖਣੀ ਚਾਹੀਦੀ ਹੈ। ਇਸ ਮੌਕੇ ਗੁਰਮੇਲ ਸਿੰਘ, ਮਲਕੀਤ ਸਿੰਘ, ਕਰਮਜੀਤ ਸਿੰਘ, ਗੁਰਦਾਸ ਸਿੰਘ, ਸ਼ੁਭਮ ਕੁਮਾਰ, ਨਵੀਨ ਕੁਮਾਰ, ਪ੍ਰੇਮ ਕੁਮਾਰ, ਮੈਡਮ ਗੀਤਾ ਰਾਣੀ, ਆਸ਼ੂ ਰਾਣੀ, ਪਰਨੀਤ, ਬਬਲੀ ਰਾਣੀ, ਸੋਨੀਆ,ਪਿੰਕੀ ਰਾਣੀ, ਮਨਦੀਪ ਕੌਰ, ਸੁੱਖਵਿੰਦਰ ਕੌਰ ਆਦਿ ਹਾਜ਼ਰ ਸਨ।

# ਨਸ਼ਾ ਕਰਨਾ ਪਿਆ ਮਹਿੰਗਾ ! 8 ਵਿਅਕਤੀ ਨਸ਼ਾ ਕਰਦੇ ਮੌਕੇ 'ਤੇ ਗ੍ਰਿਫ਼ਤਾਰ, 10 ਤਸਕਰ ਵੀ ਭਾਰੀ ਮਾਤਰਾ 'ਚ ਨਸ਼ੀਲੇ ਪਦਾਰਥਾਂ ਸਮੇਤ ਕਾਬੂ

ਬਠਿੰਡਾ, 24 ਮਈ (ਦੀਪਕ ਸ਼ਰਮਾ) : ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੁਲਿਸ ਨੇ ਹੁਣ ਨਸ਼ਾ ਕਰਨ ਵਾਲਿਆਂ 'ਤੇ ਵੀ ਸਿਕੰਜਾ ਕਸਣਾ ਸ਼ੁਰੂ ਕਰ ਦਿੱਤਾ ਹੈ। ਜ਼ਿਲ੍ਹਾ ਪੁਲਿਸ ਨੇ ਇਸ ਮੁਹਿੰਮ ਤਹਿਤ ਜਿੱਥੇ ਨਸ਼ਾ ਕਰ ਰਹੇ ਅੱਠ ਵਿਅਕਤੀਆਂ ਨੂੰ ਮੌਕੇ 'ਤੇ ਗ੍ਰਿਫ਼ਤਾਰ ਕਰ ਲਿਆ ਹੈ, ਉੱਥੇ ਹੀ ਦਸ ਵਿਅਕਤੀਆਂ ਨੂੰ ਭਾਰੀ ਮਾਤਰਾ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਫੜ੍ਹੇ ਗਏ ਇੰਨ੍ਹਾਂ ਤਸਕਰਾਂ ਕੋਲੋ 62.50 ਗ੍ਰਾਮ ਹੈਰੋਇਨ, 70 ਪਾਬੰਦੀਸ਼ੁਦਾ ਕੈਪਸੂਲ ਅਤੇ 8 ਕਿਲੋ ਭੁੱਕੀ ਬਰਾਮਦ ਕੀਤੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਸਿਵਲ ਲਾਈਨ ਬਠਿੰਡਾ ਦੀ ਪੁਲਿਸ ਨੇ ਰਿੰਗ ਰੋਡ ਨੇੜੇ 25 ਗਜ ਕੁਆਟਰ ਨੇੜੇ ਛਾਪੇਮਾਰੀ ਕਰਦਿਆਂ ਮੋਨੂ ਕੁਮਾਰ ਵਾਸੀ ਬੇਅੰਤ ਨਗਰ ਅਤੇ ਸੰਜੀਵ ਕੁਮਾਰ ਵਾਸੀ ਸੁਰਖੀਪੀਰ ਰੋਡ ਨੂੰ 6.8 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ। ਇਸ ਤਰ੍ਹਾਂ ਥਾਣਾ ਕੈਨਾਲ ਕਲੋਨੀ ਦੀ ਪੁਲਿਸ ਨੇ ਟਰਾਂਸਪੋਰਟ ਨਗਰ ਵਿੱਚ ਇਕ ਸ਼ੱਕੀ ਵਿਅਕਤੀ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਸ ਕੋਲੋਂ 30 ਪਾਬੰਦੀਸ਼ੁਦਾ ਕੈਪਸੂਲ ਬਰਾਮਦ ਹੋਏ। ਪੁਲਿਸ ਪਾਰਟੀ ਨੇ ਮੁਲਜ਼ਮ ਨੂੰ ਮੌਕੇ 'ਤੇ ਕਾਬੂ ਕਰ ਲਿਆ, ਜਿਸ ਦੀ ਪਛਾਣ ਤਰਨਦੀਪ ਸਿੰਘ ਵਾਸੀ ਦੇ ਆਦਰਸ਼ ਨਗਰ ਬਠਿੰਡਾ ਵਜੋਂ ਹੋਈ ਹੈ।

ਸੀਆਈਏ ਸਟਾਫ ਦੋ ਦੀ ਪੁਲਿਸ ਨੇ ਪਿੰਡ ਭੁੱਚੋ ਕਲਾਂ ਵਿੱਚ ਇਕ ਸ਼ੱਕੀ ਅਲਟੋ ਕਾਰ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਸ ਵਿੱਚੋਂ 15 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਪਾਰਟੀ ਨੇ ਕਾਰ ਵਿੱਚ ਸਵਾਰ ਰਾਜਾ ਸਿੰਘ ਅਤੇ ਅੰਮ੍ਰਿਤਪਾਲ ਸਿੰਘ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ। ਥਾਣਾ ਦਿਆਲਪੁਰਾ ਦੀ ਪੁਲਿਸ ਨੇ ਪਿੰਡ ਭੋਡੀਪੁਰਾ ਵਿੱਚ ਛਾਪੇਮਾਰੀ ਕਰਦਿਆਂ ਲਵਪ੍ਰੀਤ ਸਿੰਘ ਨੂੰ 30 ਗ੍ਰਾਮ ਹੈਰੋਇਨ ਸਮੇਤ ਫੜਿਆ ਹੈ ਜਦੋਂ ਕਿ ਕਿਸੇ ਥਾਣੇ ਦੀ ਪੁਲਿਸ ਨੇ ਅਮਨਿੰਦਰ ਸਿੰਘ ਵਾਸੀ ਭਗਤਾ ਭਾਈਕਾ ਨੂੰ 40 ਪਾਬੰਦੀਸ਼ੁਦਾ ਕੈਪਸੂਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਥਾਣਾ ਸਦਰ ਰਾਮਪੁਰਾ ਦੀ ਪੁਲਿਸ ਨੇ ਇਕ ਮੋਟਰਸਾਈਕਲ ਸਵਾਰ ਸੁਖਵਿੰਦਰ ਸਿੰਘ ਵਾਸੀ ਰਾਮਪੁਰਾ ਨੂੰ 8 ਕਿਲੋ ਭੁੱਕੀ ਸਮੇਤ ਕਾਬੂ ਕੀਤਾ ਹੈ। ਥਾਣਾ ਰਾਮਾ ਮੰਡੀ ਦੀ ਪੁਲਿਸ ਨੇ ਭੀਮਾ ਸਿੰਘ ਵਾਸੀ ਪਿੰਡ ਜੱਜਲ ਨੂੰ 11.42 ਗ੍ਰਾਮ ਹੈਰੋਇਨ ਬਰਾਮਦ ਕਰਕੇ ਉਸ ਖਿਲਾਫ ਕੇਸ ਦਰਜ ਕੀਤਾ ਹੈ।

**ਨਸ਼ਾ ਕਰਦੇ ਅੱਠ ਮੌਕੇ 'ਤੇ ਫੜੇ** : ਪੁਲਿਸ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲਿਆਂ ਦੇ ਨਾਲ ਨਾਲ ਨਸ਼ੇੜੀਆਂ ਖਿਲਾਫ ਵੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੇ ਜ਼ਿਲ੍ਹੇ ਅੰਦਰ ਵੱਖ-ਵੱਖ ਥਾਵਾਂ 'ਤੇ ਗੈਰ ਕਾਨੂੰਨੀ ਨਸ਼ਾ ਕਰਨ ਵਾਲੇ ਅੱਠ ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਕੈਨਾਲ ਕਲੋਨੀ ਦੀ ਪੁਲਿਸ ਨੇ ਗਣਪਤੀ ਇਨਕਲੇਵ ਨੇੜੇ ਗੈਰ ਕਾਨੂੰਨੀ ਨਸ਼ਾ ਕਰ ਰਹੇ ਸੁਖਵੰਤ ਸਿੰਘ ਕਾਬੂ ਕਰਕੇ ਉਸ ਖਿਲਾਫ ਕੇਸ ਦਰਜ ਕੀਤਾ ਹੈ। ਇਸ ਤਰ੍ਹਾਂ ਹੀ ਥਾਣਾ ਦਿਆਲਪੁਰਾ ਦੀ ਪੁਲਿਸ ਨੇ ਦਿਆਲਪੁਰਾ ਭਾਈਕਾ ਵਿੱਚ ਨਸ਼ਾ ਕਰ ਰਹੇ ਹਰਦੀਪ ਸਿੰਘ ਨੂੰ ਕਾਬੂ ਕੀਤਾ ਹੈ। ਥਾਣਾ ਬਾਲਿਆਂਵਾਲੀ ਦੀ ਪੁਲਿਸ ਨੇ ਜਸਵਿੰਦਰ ਖਾਨ ਨੂੰ ਨਸ਼ਾ ਕਰਦਿਆਂ ਮੌਕੇ 'ਤੇ ਫੜਿਆ ਹੈ। ਥਾਣਾ ਮੌੜ ਮੰਡੀ ਦੀ ਪੁਲਿਸ ਨੇ ਨਸ਼ਾ ਕਰ ਰਹੇ ਮਨਪ੍ਰੀਤ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਉਸ ਕੋਲੋਂ ਇਕ ਲਾਇਟਰ, ਸਿਲਵਰ ਦਾ ਰੋਲ ਅਤੇ 10 ਰੁਪਏ ਦਾ ਨੋਟ ਬਰਾਮਦ ਕੀਤਾ ਹੈ। ਥਾਣਾ ਤਲਵੰਡੀ ਸਾਬੋ ਦੀ ਪੁਲਿਸ ਨੇ ਵੀ ਗੈਰ ਕਾਨੂੰਨੀ ਨਸ਼ਾ ਕਰ ਰਹੇ ਜਸਕੀਰਤ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ ਇੱਕ ਲਾਈਟਰ, ਸਿਲਵਰ ਰੋਲ ਦਾ ਟੁਕੜਾ ਅਤੇ ਦਸ ਰੁਪਏ ਦਾ ਨੋਟ ਬਰਾਮਦ ਕੀਤਾ ਹੈ। ਪੁਲਿਸ ਨੇ ਮੁਲਜਮ ਨੂੰ ਨਸ਼ਾ ਛਡਾਊ ਕੇਂਦਰ ਵਿੱਚ ਦਾਖਲ ਕਰਵਾ ਦਿੱਤਾ ਹੈ। ਇਸ ਤਰ੍ਹਾਂ ਇਕ ਹੋਰ ਮਾਮਲੇ ਵਿੱਚ ਥਾਣਾ ਸੰਗਤ ਮੰਡੀ ਦੀ ਪੁਲਿਸ ਨੇ ਦੋ ਵਿਅਕਤੀਆਂ ਨੂੰ ਗੈਰ ਕਾਨੂੰਨੀ ਨਸ਼ਾ ਕਰਦਿਆਂ ਫੜਿਆ ਹੈ, ਜਿੰਨ੍ਹਾਂ ਦੀ ਪਛਾਣ ਸੁਮਨਦੀਪ ਸਿੰਘ ਅਤੇ ਰਣਜੀਤ ਸਿੰਘ ਵਜੋਂ ਹੋਈ ਹੈ। ਥਾਣਾ ਨੰਦਗੜ੍ਹ ਦੀ ਪੁਲਿਸ ਨੇ ਵੀ ਬੰਟੀ ਸਿੰਘ ਨੂੰ ਗੈਰ ਕਾਨੂੰਨੀ ਨਸ਼ਾ ਕਰਦਿਆਂ ਗ੍ਰਿਫ਼ਤਾਰ ਕਰਕੇ ਉਸ ਕੋਲੋਂ ਇਕ ਲਾਈਟਰ, 10 ਰੁਪਏ ਦਾ ਨੋਟ ਅਤੇ ਸਿਲਵਰ ਪੰਨੀ ਬਰਾਮਦ ਕੀਤੀ ਹੈ।

## ਆਪਰੇਸ਼ਨ ਸਿੰਦੂਰ ਦੀ ਸਫਲਤਾ ਨਾਲ ਪੂਰੀ ਦੁਨੀਆ ਚ ਵੱਜਿਆ ਭਾਰਤ ਦੀ ਤਾਕਤ ਦਾ ਡੰਕਾ : ਦੂਲਟ




ਸੰਗਰੂਰ, 24 ਮਈ (ਹਰਕੰਵਲ ਸਿੰਘ ਹੈਪੀ) : ਭਾਰਤੀ ਫੌਜਾਂ ਵੱਲੋਂ ਆਪਰੇਸ਼ਨ ਸਿੰਦੂਰ ਦੌਰਾਨ ਅੱਤਵਾਦੀਆਂ ਦੇ ਟਿਕਾਣਿਆਂ ਅਤੇ ਪਾਕਿਸਤਾਨੀ ਸੈਨਾ ਦੇ ਏਅਰਬੇਸਾਂ ਉੱਤੇ ਮਚਾਈ ਤਬਾਹੀ ਤੋਂ ਬਾਅਦ ਭਾਰਤ ਦੇ ਜਾਂਬਾਜ਼ ਫੌਜੀਆਂ ਵੀ ਬਹਾਦਰੀ ਨੂੰ ਸਮਰਪਿਤ ਪੂਰੇ ਦੇਸ਼ ਵਿੱਚ ਭਾਜਪਾ ਵੱਲੋਂ ਕੱਢੀਆਂ ਜਾ ਰਹੀਆਂ ਤਿਰੰਗਾ ਯਾਤਰਾਵਾਂ ਦੇ ਮੱਦੇਨਜ਼ਰ ਅੱਜ ਧੂਰੀ ਵਿਖੇ ਜ਼ਿਲਾ ਪ੍ਰਧਾਨ ਧਰਮਿੰਦਰ ਸਿੰਘ ਦੂੱਲਟ ਦੀ ਅਗਵਾਈ ਹੇਠ ਤਿਰੰਗਾ ਯਾਤਰਾ ਕੱਢੀ ਗਈ।

ਯਾਤਰਾ ਦੌਰਾਨ ਭਾਜਪਾ ਵਰਕਰਾਂ ਤੋਂ ਇਲਾਵਾ ਆਮ ਜਨਤਾ ਤੇ ਨੌਜਵਾਨਾਂ ਨੇ ਭਰਵੀਂ ਗਿਣਤੀ ਵਿੱਚ ਸਮੂਲੀਅਤ ਕਰਕੇ ਦੇਸ਼ ਦੇ ਬਹਾਦਰ ਫੌਜੀਆਂ ਨੂੰ ਸਿਜਦਾ ਕੀਤਾ ਅਤੇ ਉਹਨਾਂ ਦੀ ਹੌਸਲਾ ਅਫਜ਼ਾਈ ਕੀਤੀ। ਯਾਤਰਾ ਧੂਰੀ ਦੇ ਕੱਕੜਵਾਲ ਚੌਂਕ ਤੋਂ ਇਲਾਵਾ ਹੋਰਨਾਂ ਮਸ਼ਹੂਰ ਚੌਂਕਾਂ ਅਤੇ ਮੁਹੱਲਿਆਂ ਵਿੱਚੋਂ ਵੀ ਗੁਜਰੀ। ਦੂੱਲਟ ਨੇ ਕਿਹਾ ਕਿ ਅੱਜ ਦਾ ਭਾਰਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਭਾਰਤ ਹੈ ਜੋ ਅੱਤਵਾਦੀਆਂ ਨੂੰ ਉਹਨਾਂ ਦੀਆਂ ਬਿਲਾਂ ਵਿੱਚ ਜਾਕੇ ਦਫਨ ਕਰ ਦਿੰਦਾ ਹੈ ਇਹ ਕੋਈ ਕਾਂਗਰਸ ਦੇ ਸਮੇਂ ਦਾ ਭਾਰਤ ਨਹੀਂ ਜਦੋਂ ਹਮਲਾ ਹੋਣ ਤੇ ਰੌਂਦੇ ਕੁਰਲਾਂਦੇ ਅਮਰੀਕਾ ਜਾਂ ਯੂਐਨਓ ਕੋਲ ਫਰਿਆਦਾਂ ਕੀਤੀਆਂ ਜਾਂਦੀਆਂ ਸਨ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਦ੍ਰਿੜ ਇੱਛਾ ਸ਼ਕਤੀ ਅਤੇ ਭਾਰਤੀ ਫੌਜਾਂ ਨੂੰ ਦਿੱਤੀ ਖੁੱਲੀ ਛੁੱਟੀ ਕਾਰਨ ਹੀ ਦੁਸ਼ਮਣ ਦੇਸ਼ ਨੇ 2 ਦਿਨਾਂ ਅੰਦਰ ਹੀ ਗੋਡੇ ਟੇਕ ਦਿੱਤੇ। ਭਾਰਤੀ ਫੌਜਾਂ ਵੱਲੋਂ ਆਪਰੇਸ਼ਨ ਸਿੰਦੂਰ ਦੌਰਾਨ ਜਿਸ ਤਰ੍ਹਾਂ ਆਪਣੀ ਸੂਝਬੂਝ ਅਤੇ ਬਹਾਦਰੀ ਦਾ ਪ੍ਰਦਰਸ਼ਨ ਕੀਤਾ ਗਿਆ ਉਸ ਨਾਲ ਪੂਰੀ ਦੁਨੀਆ ਅੰਦਰ ਭਾਰਤ ਦੀ ਤਾਕਤ ਦਾ ਡੰਕਾ ਵੱਜਿਆ, ਉਹਨਾਂ ਕਿਹਾ ਕਿ ਪੂਰੀ ਦੁਨੀਆ ਹੈਰਾਨ ਹੈ ਕਿ ਕਿਵੇਂ ਭਾਰਤ ਨੇ ਇੱਕ ਨਿਊਕਲੀਅਰ ਮੁਲਕ ਦਾ 2 ਦਿਨਾਂ ਵਿੱਚ ਹੀ ਮਲੀਆਮੇਟ ਕਰ ਕਰਕੇ ਉਸਨੂੰ ਮਿਨਤਾ ਤਰਲੇ ਕਰਨ ਲਈ ਮਜਬੂਰ ਕਰ ਦਿੱਤਾ।

ਉਹਨਾਂ ਕਿਹਾ ਕਿ ਜਦੋਂ ਤੋਂ ਕੇਂਦਰ ਵਿੱਚ ਮੋਦੀ ਸਰਕਾਰ ਨੇ ਸੱਤਾ ਸੰਭਾਲੀ ਹੈ ਉਦੋਂ ਤੇ ਅਦੋ ਤੋਂ ਭਾਰਤੀ ਫੌਜਾਂ ਨੂੰ ਤਕੜਾ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਮੇਕਿੰਗ ਇੰਡੀਆ ਅਭਿਆਨ ਤਹਿਤ ਫੌਜਾਂ ਲਈ ਜਿਆਦਾਤਰ ਹਥਿਆਰ ਦੇਸ਼ ਵਿੱਚ ਹੀ ਬਣ ਰਹੇ ਹਨ ਇਸ ਤੋਂ ਇਲਾਵਾ ਰਾਫ਼ੇਲ ਅਤੇ ਐਸ 400 ਵਰਗੇ ਸਿਸਟਮਾਂ ਨਾਲ ਦੇਸ਼ ਦੀਆਂ ਫੌਜਾਂ ਨੂੰ ਲੈਸ ਕਰਨ ਵਿੱਚ ਕੋਈ ਕਮੀ ਨਹੀਂ ਛੱਡੀ ਗਈ ਜਿਸ ਦੀ ਬਦੌਲਤ ਅੱਜ ਭਾਰਤੀ ਫੌਜਾਂ ਇਨੀਆਂ ਮਜਬੂਤ ਹਨ ਕੀ ਸਰਹੱਦਾਂ ਤੇ ਨਾਪਾਕ ਹਰਕਤਾਂ ਕਰਨ ਵਾਲੇ ਮੁਲਕਾਂ ਨੂੰ ਉਨਾਂ ਦੀ ਹੀ ਭਾਸ਼ਾ ਵਿੱਚ ਜਵਾਬ ਦਿੱਤਾ ਜਾਂਦਾ। ਇਸ ਮੌਕੇ ਭਾਜਪਾ ਦੇ ਵੱਖ-ਵੱਖ ਵਿੰਗਾਂ ਤੋਂ ਇਲਾਵਾ ਤੋਂ ਇਲਾਵਾ ਮਹਿਲਾ ਮੋਰਚਾ ਦੀਆਂ ਅਹੁਦੇਦਾਰ ਤੇ ਵੱਖ ਵੱਖ ਧਾਰਮਿਕ ਅਤੇ ਸਮਾਜ ਸੇਵੀ ਸੰਗਠਨਾਂ ਨੇ ਵੀ ਸ਼ਮੂਲੀਅਤ ਕੀਤੀ।

## ਫੀਲਡ ਕਾਮਿਆਂ ਨੇ ਜਲ ਸਪਲਾਈਆਂ ਦੇ ਪੰਚਾਇਤੀ ਕਰਨ ਵਿਰੁਧ ਦਿੱਤਾ ਰੋਸ ਧਰਨਾ



ਭਗਤਾ ਭਾਈ ਕਾ, 24 ਮਈ (ਸਵਰਨ ਸਿੰਘ ਭਗਤਾ) : ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦੇ ਜਿਲ੍ਹਾ ਬਠਿੰਡਾ ਅਤੇ ਮਾਨਸਾ ਵੱਲੋਂ ਚਿਲਡਰਨ ਪਾਰਕ ਬਠਿੰਡਾ ਵਿਖੇ ਜਿਲ੍ਹਾ ਪ੍ਰਧਾਨ ਬਲਰਾਜ ਸਿੰਘ ਮੌੜ,ਤੇ ਅਮਰ ਸਿੰਘ ਮਾਨਸਾ ਪ੍ਰਧਾਨਗੀ ਹੇਠ ਧਰਨਾ ਦਿੱਤਾ ਅਤੇ ਹਲਕਾ ਦਫ਼ਤਰ ਤੱਕ ਰੋਸ ਮਾਰਚ ਕਰਕੇ ਮੰਗ ਪੱਤਰ ਨਿਗਰਾਨ ਇੰਜਨੀਅਰ ਰਾਹੀ ਪੰਜਾਬ ਸਰਕਾਰ ਤੇ ਉਚ ਅਧਿਕਾਰੀਆਂ ਨੂੰ ਭੇਜਿਆ ਗਿਆ।ਇਸ ਸਬੰਧੀ ਪ੍ਰੈਸ ਸਕੱਤਰ ਗੁਰਮੀਤ ਸਿੰਘ ਭੋਡੀਪੁਰਾ ਨੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਧਰਨੇ ਨੂੰ ਸੰਬੋਧਨ ਕਰਦਿਆਂ ਪਸਸਫ ਦੇ ਜਿਲ੍ਹਾ ਪ੍ਰਧਾਨ ਹਰਨੇਕ ਸਿੰਘ ਗਹਿਰੀ,ਗੁਰਮੀਤ ਸਿੰਘ ਭੋਡੀਪੁਰਾ, ਸੂਬਾ ਆਗੂ ਦਰਸ਼ਨ ਸਿੰਘ ਨੰਗਲ,ਕਿਸ਼ੋਰ ਚੰਦ ਗਾਜ਼, ਧਰਮ ਸਿੰਘ ਕੋਠਾਗੁਰੂ,ਸ਼ਿੰਦਰਪਾਲ ਸਿੰਘ, ਲਖਵੀਰ ਸਿੰਘ ਭਾਗੀਵਾਂਦਰ, ਹੰਸਰਾਜ ਬੀਜਵਾ, ਸੁਖਚੈਨ ਸਿੰਘ,ਦਰਸ਼ਨ ਸ਼ਰਮਾਂ,ਗੁਰਜੰਟ ਸਿੰਘ ਮਾਨ, ਜਸਪਿੰਦਰ ਸਿੰਘ ਰੱਲਾ,ਪਿਆਰੇ ਲਾਲ, ਜੱਗਾ ਸਿੰਘ ਪ੍ਰਧਾਨ ਪਸਸਫ ਮਾਨਸਾ,ਹਰੀ ਸਿੰਘ ਸਹਾਰਨਾ,ਦੀਪ ਜੋਗਾ,ਹਰਪ੍ਰੀਤ ਸਿੰਘ ਮਨਪ੍ਰੀਤ ਭੀਖੀ,ਜਗਦੇਵ ਸਿੰਘ ਗੁਰਚਰਨ ਜੋੜਕੀਆਂ,ਗੁਰਭੇਜ ਭੇਜੀ, ਸੁਖਦੇਵ ਸਿੰਘ ਕੋਟਲੀ,ਜਸਵਿੰਦਰ ਸਿੰਘ,ਬਲਜਿੰਦਰ ਸਿੰਘ, ਜਨਕ ਸਿੰਘ ਮਾਨਸਾ,ਜੀਤ ਰਾਮ ਦੋਦੜਾ ਨੇ ਕਿਹਾ ਕਿ ਸੂਬਾ ਕਮੇਟੀ ਤੇ ਫੈਸਲੇ ਅਨੁਸਾਰ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਵੱਲੋਂ 15% ਕੋਟੇ ਅਧੀਨ ਪ੍ਰਮੋਟ ਕੀਤੇ ਜੂਨੀਅਰ ਇੰਜੀਨੀਅਰਾਂ ਵਿਰੁੱਧ ਮੁੱਖ ਦਫ਼ਤਰਾਂ ਵੱਲੋਂ ਮਾੜੇ ਪੱਤਰ ਕੱਢਕੇ ਕਾਰਵਾਈ ਕਰਨ ਦੇ ਮਨਸੂਬਿਆਂ ਤੇ ਖਿਲਾਫ ਅਤੇ ਪੰਚਾਇਤੀ ਕਰਨ ਦੇ ਨਾਂ ਤੇ ਸਰਕਾਰ ਵੱਲੋਂ ਪੇਂਡੂ ਜਲ ਸਪਲਾਈਆਂ ਨੂੰ ਪੰਚਾਇਤਾਂ ਦੇ ਹਵਾਲੇ ਕਰਨ ਦੇ ਵਿਰੁੱਧ ਅੱਜ ਸਰਕਲ ਪੱਧਰੀ ਰੋਸ ਧਰਨਾਂ ਦੇ ਕੇ ਨਿਗਰਾਨ ਦਫ਼ਤਰ ਬਠਿੰਡਾ ਰਾਹੀਂ ਸਰਕਾਰ ਅਤੇ ਵਿਭਾਗ ਦੇ ਅਧਿਕਾਰੀਆਂ ਨੂੰ ਮੰਗ ਪੱਤਰ ਦਿੱਤਾ ਗਿਆ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਜਲ ਸਪਲਾਈਆਂ ਨੂੰ ਪੰਚਾਇਤਾਂ ਦੇ ਹਵਾਲੇ ਕਰਨ ਦਾ ਫੈਸਲਾ ਵਾਪਸ ਲਿਆ ਜਾਵੇ ਪੰਜਾਬ ਦੇ ਵੱਖ-ਵੱਖ ਮਹਿਕਮੇ ਵਿੱਚ ਕੰਮ ਕਰਦੇ ਕੰਟੈਕਟ ਆਊਟਸੋਰਸ ਇੰਨ ਲਿਸਟਮੈਂਟ ਮੁਲਾਜ਼ਮਾਂ ਨੂੰ ਬਿਨਾਂ ਦੇਰੀ ਰੈਗੂਲਰ ਕੀਤਾ ਜਾਵੇ ਰਹਿੰਦੀਆਂ ਡੀਏ ਦੀਆਂ ਕਿਸਤਾਂ ਰਿਲੀਜ਼ ਕੀਤੀਆਂ ਜਾਣ ਪੇ ਕਮਿਸ਼ਨ ਦੇ ਬਕਾਏ ਜਲਦੀ ਦਿੱਤੇ ਜਾਣ ਖਾਲੀ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰੀਆਂ ਜਾਣ ਤੇ ਹੋਰ ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਲੈ ਕੇ ਸੂਬਾ ਕਮੇਟੀ ਵੱਲੋਂ ਪੰਜਾਬ ਪੱਧਰੀ ਰੋਸ ਧਰਨਾ 9 ਜੂਨ ਨੂੰ ਮੁੱਖ ਦਫਤਰ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਪਟਿਆਲਾ ਵਿਖੇ ਦਿੱਤਾ ਜਾਵੇਗਾ।

# ਅੱਜ ਨਗਰ-ਨਿਗਮ ਵਿੱਚ ਲੱਗੇਗਾ ਨਕਸ਼ਾ ਮੇਲਾ, ਰਿਹਾਇਸ਼ੀ ਨਕਸ਼ੇ 72 ਘੰਟੇ ਵਿੱਚ ਹੋਣਗੇ ਪਾਸ : ਮੇਅਰ ਪਦਮਜੀਤ ਮਹਿਤਾ



ਬਠਿੰਡਾ, 24 ਮਈ (ਦੀਪਕ ਸ਼ਰਮਾ) : ਰਿਹਾਇਸ਼ੀ ਨਕਸ਼ੇ ਪਾਸ ਕਰਵਾਉਣ ਬਾਬਤ ਬਠਿੰਡਾ ਨਿਵਾਸੀਆਂ ਨੂੰ ਆ ਰਹੀਆਂ ਸਮੱਸਿਆਵਾਂ ਤੋਂ ਨਿਜਾਤ ਦਿਵਾਉਣ ਲਈ 25 ਮਈ ਦੀ ਦੁਪਹਿਰ 3 ਵਜੇ ਤੋਂ ਨਗਰ ਨਿਗਮ ਬਠਿੰਡਾ ਵਿੱਚ ਨਕਸ਼ਾ ਮੇਲਾ ਲਗਾਇਆ ਜਾ ਰਿਹਾ ਹੈ, ਜੋ ਲਗਾਤਾਰ 1 ਮਹੀਨੇ ਤੱਕ ਚੱਲੇਗਾ।ਇਹ ਜਾਣਕਾਰੀ ਸ਼ੁੱਕਰਵਾਰ ਨੂੰ ਮੇਅਰ ਪਦਮਜੀਤ ਮਹਿਤਾ ਨੇ ਨਿਗਮ ਦਫ਼ਤਰ ਵਿੱਚ ਆਯੋਜਿਤ ਪ੍ਰੈਸ ਵਾਰਤਾ ਦੌਰਾਨ ਦਿੱਤੀ। ਮੇਅਰ ਨੇ ਕਿਹਾ ਕਿ ਨਕਸ਼ਾ ਮੇਲੇ ਦੌਰਾਨ ਬਿਲਡਿੰਗ ਬ੍ਰਾਂਚ ਦਾ ਸਾਰਾ ਸਟਾਫ ਇੱਕ ਹੀ ਜਗ ?ਹਾ 'ਤੇ ਉਪਲਬਧ ਹੋਵੇਗਾ। ਉਨ੍ਹਾਂ ਕਿਹਾ ਕਿ ਰਿਹਾਇਸ਼ੀ ਨਕਸ਼ੇ ਪਾਸ ਕਰਵਾਉਣ ਲਈ ਆਪਣੀ-ਆਪਣੀ ਬਿਲਡਿੰਗਜ਼ ਦੇ ਪਲਾਨ ਅਤੇ ਦਸਤਾਵੇਜ਼ ਜ਼ਰੂਰ ਲੈ ਕੇ ਆਉਣ, ਜਿਨ੍ਹਾਂ ਦੇ ਕਾਗਜ਼ਾਤ ਮੌਕੇ 'ਤੇ ਹੀ ਚੈੱਕ ਕੀਤੇ ਜਾਣਗੇ ਅਤੇ ਕੋਈ ਕਮੀ ਹੋਣ 'ਤੇ ਤੁਰੰਤ ਜਾਣਕਾਰੀ ਦੇ ਕੇ ਉਕਤ ਕਮੀ ਨੂੰ ਦੂਰ ਕਰਵਾਇਆ ਜਾਵੇਗਾ। ਇਸ ਤੋਂ ਬਾਅਦ ਰਿਹਾਇਸ਼ੀ ਨਕਸ਼ਿਆਂ ਨੂੰ ਸਬੰਧਤ ਵਿਅਕਤੀ ਆਪਣੇ ਆਰਕੀਟੈਕਟ ਨਾਲ ਮਿਲ ਕੇ ਅੱਪਲੋਡ ਕਰਵਾਉਣਗੇ ਅਤੇ ਅੱਪਲੋਡ ਹੋਣ ਦੇ 72 ਘੰਟੇ ਬਾਅਦ ਨਕਸ਼ੇ ਪਾਸ ਹੋ ਜਾਣਗੇ। ਮੇਅਰ ਮਹਿਤਾ ਨੇ ਕਿਹਾ ਕਿ ਪੋਰਟਲ 'ਤੇ ਚੜ੍ਹਨ ਤੋਂ ਪਹਿਲਾਂ ਦਸਤਾਵੇਜ਼ ਸੰਬੰਧੀ ਸਮੱਸਿਆ ਦੀ ਜਾਣਕਾਰੀ ਅਧਿਕਾਰੀਆਂ ਵੱਲੋਂ ਤੁਰੰਤ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਰਿਹਾਇਸ਼ੀ ਨਕਸ਼ੇ ਪਾਸ ਕਰਵਾਉਣ ਲਈ ਕੁਝ ਤਕਨੀਕੀ ਸਮੱਸਿਆ ਆਉਣ ਕਾਰਨ ਵਾਰ-ਵਾਰ ਲੋਕਾਂ ਨੂੰ ਬਿਲਡਿੰਗ ਬ੍ਰਾਂਚ ਦੇ ਚੱਕਰ ਲਗਾਉਣੇ ਪੈਂਦੇ ਸਨ, ਜਿਸ ਨੂੰ ਹੱਲ ਕਰਨ ਲਈ ਹੀ ਦੇਸ਼ ਦਾ ਪਹਿਲਾ ਪ੍ਰੋਜੈਕਟ ਨਕਸ਼ਾ ਮੇਲਾ ਸ਼ੁਰੂ ਕੀਤਾ ਜਾ ਰਿਹਾ ਹੈ, ਜੋ ਦੇਸ਼ ਲਈ ਆਦਰਸ਼ ਪ੍ਰੋਜੈਕਟ ਬਣੇਗਾ ਅਤੇ ਇਸ ਨਕਸ਼ਾ ਮੇਲੇ ਦੇ ਸਫਲ ਹੋਣ ਤੋਂ ਬਾਅਦ ਇਸ ਨੂੰ ਨਗਰ ਨਿਗਮ ਬਠਿੰਡਾ ਵਿੱਚ ਲਾਗੂ ਕਰਦੇ ਹੋਏ 72 ਘੰਟੇ ਵਿੱਚ ਰਿਹਾਇਸ਼ੀ ਨਕਸ਼ੇ ਪਾਸ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਇਹ ਨਕਸ਼ਾ ਮੇਲਾ ਇੱਕ ਮਹੀਨੇ ਤੱਕ ਦਫ਼ਤਰ ਸਮੇਂ ਦੌਰਾਨ ਲੱਗੇਗਾ।ਇਸ ਦੌਰਾਨ ਉਨ੍ਹਾਂ ਇਹ ਵੀ ਦੱਸਿਆ ਕਿ 27 ਮਈ ਨੂੰ ਨਕਸ਼ਾ ਮੇਲਾ ਵਿੱਚ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਵੀ ਪਹੁੰਚ ਰਹੇ ਹਨ। ਮੇਅਰ ਪਦਮਜੀਤ ਮਹਿਤਾ ਨੇ ਕਿਹਾ ਕਿ ਬਿਜਲੀ ਕੱਟਾਂ ਸੰਬੰਧੀ ਆ ਰਹੀ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਬਿਜਲੀ ਟਰਾਂਸਫਾਰਮਰ ਅੱਪਗ੍ਰੇਡ ਹੋਣਗੇ ਅਤੇ ਜਿੱਥੇ ਨਵੇਂ ਟਰਾਂਸਫਾਰਮਰ ਦੀ ਜ਼ਰੂਰਤ ਹੋਵੇਗੀ, ਉੱਥੇ ਨਵੇਂ ਟਰਾਂਸਫਾਰਮਰ ਵੀ ਜਲਦ ਲੱਗਣਗੇ। ਰੋਜ਼ ਗਾਰਡਨ ਵਿੱਚ ਹਾਈਟੈਕ ਕੰਟੀਨ ਦੇ ਕਾਰਜ ਦਾ ਸ਼ੁਭਾਰੰਭ ਕੀਤਾ ਗਿਆ ਹੈ ਅਤੇ ਅਗਲੇ 3 ਮਹੀਨੇ ਵਿੱਚ ਇਹ ਕੰਟੀਨ ਬਣ ਕੇ ਤਿਆਰ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਜੋਗਰ ਪਾਰਕ ਵਿੱਚ ਵੀ ਜਲਦ ਹੀ ਕੰਟੀਨ ਦਾ ਕਾਰਜ ਸ਼ੁਰੂ ਕੀਤਾ ਜਾਵੇਗਾ। ਇਸ ਦੌਰਾਨ ਉਨ੍ਹਾਂ ਦੇ ਨਾਲ ਏ.ਟੀ.ਪੀ. ਮਨੋਜ ਅਗਰਵਾਲ, ਏ.ਟੀ.ਪੀ. ਦਵਿੰਦਰ ਪਾਲ ਸ਼ਰਮਾ, ਹੈੱਡ ਡਰਾਫਟਸਮੈਨ ਸਤੀਸ਼ ਮਲਹੋਤਰਾ ਅਤੇ ਪੀ.ਏ. ਟੂ ਮੇਅਰ ਸੁਰੇਸ਼ ਸੇਤੀਆ ਹਾਜ਼ਰ ਸਨ।

## ਪੰਜਾਬ ਸਰਕਾਰ ਨੇ ਨਸ਼ਾ ਤਸਕਰਾਂ ਵਿਰੁੱਧ ਕੱਸਿਆ ਸ਼ਿਕੰਜਾ : ਡਾ. ਵਿਜੈ ਸਿੰਗਲਾ

ਮਾਨਸਾ, 24 ਮਈ (ਵਿਰੇਂਦਰਪਾਲ ਮੰਤਰੋ) : ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਵਿਚੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਤਹਿਤ ਹਲਕਾ ਬੁਢਲਾਡਾ, ਮਾਨਸਾ ਅਤੇ ਸਰਦੂਲਗੜ੍ਹ ਦੇ ਵਿਧਾਇਕਾਂ ਵੱਲੋਂ ਮਾਨਸਾ ਜ਼ਿਲ੍ਹੇ ਦੇ ਪਿੰਡਾਂ ਕਲੀਪੁਰ, ਰਾਮਪੁਰ ਮੰਡੇਰ, ਸ਼ੇਰ ਖਾਂ ਵਾਲਾ, ਕੋਟੜਾ ਕਲਾਂ, ਅਤਲਾ ਖੁਰਦ, ਅਤਲਾ ਕਲਾਂ, ਪੇਰੋਂ, ਬੈਹਣੀਵਾਲ ਅਤੇ ਧਿੰਗੜ ਵਿਖੇ ਨਸ਼ਿਆਂ ਦੇ ਖਾਤਮੇ ਲਈ ਬਣਾਈਆਂ ਨਸ਼ਾ ਰੋਕੂ ਰੱਖਿਆ ਕਮੇਟੀਆਂ ਅਤੇ ਹੋਰ ਲੋਕਾਂ ਨਾਲ ਮੀਟਿੰਗ ਕੀਤੀ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਹਲਕਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ਼ ?ਰੀ ਬੁੱਧ ਰਾਮ ਨੇ ਪਿੰਡ ਕਲੀਪੁਰ, ਰਾਮਪੁਰ ਮੰਡੇਰ ਅਤੇ ਸ਼ੇਰ ਖਾਂ ਵਾਲਾ ਵਿਖੇ ਕਿਹਾ ਕਿ ਸਰਕਾਰ ਦੇ ਉਪਰਾਲਿਆਂ ਸਦਕਾ ਸੂਬੇ ਅੰਦਰ ਇੱਕ ਲੋਕ ਲਹਿਰ ਪੈਦਾ ਹੋਈ ਹੈ ਜੋ ਨਸ਼ਿਆਂ ਦੇ ਵਿਰੁੱਧ ਸਰਕਾਰ ਦਾ ਪੂਰਾ ਸਹਿਯੋਗ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ੇ ਦੀ ਆਦਤ ਲਗਾਉਣ ਵਾਲੇ ਨਸ਼ਾ ਤਸਕਰ ਕਿਸੇ ਵੀ ਕੀਮਤ ਤੇ ਬਖ਼ਸ਼ੇ ਨਹੀਂ ਜਾਣਗੇ। ਉਨ੍ਹਾਂ ਪਿੰਡ ਦੀਆਂ ਰੱਖਿਆ ਕਮੇਟੀਆਂ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਯਕੀਨੀ ਬਣਾਉਣ ਕਿ ਕੋਈ ਵੀ ਬਾਹਰੀ ਜਾਂ ਅੰਦਰੂਨੀ ਵਿਅਕਤੀ ਪਿੰਡਾਂ ਵਿੱਚ ਨਸ਼ਾ ਸਪਲਾਈ ਨਾ ਕਰ ਸਕੇ।

ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਵੱਲ ਨਹੀਂ ਸਗੋਂ ਸਮਾਜ ਦੀ ਉਨੱਤੀ ਵੱਲ ਆਪਣਾ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ।



# ਪਟਿਆਲਾ-ਆਸ/ਪਾਸ



## ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਭਾਸ਼ਾ ਵਿਭਾਗ ਦੀ ਕਾਰਗੁਜ਼ਾਰੀ ਦਾ ਜਾਇਜ਼ਾ

### ਭਾਸ਼ਾ ਵਿਭਾਗ ਦੀਆਂ ਲੋੜਾਂ ਸਬੰਧੀ ਹੋਰਨਾਂ ਵਿਭਾਗਾਂ ਤੋਂ ਜਲਦੀ ਰਿਪੋਰਟ ਲੈਣ ਦਾ ਦਿੱਤਾ ਭਰੋਸਾ

ਪਟਿਆਲਾ 24 ਮਈ (ਰੁਪਾਣਾ) : ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ ਨੇ ਭਾਸ਼ਾ ਵਿਭਾਗ ਪੰਜਾਬ ਦੀ ਕਾਰਗੁਜ਼ਾਰੀ ਦਾ ਡਾਇਰੈਕਟਰ ਭਾਸ਼ਾ ਵਿਭਾਗ ਸ. ਜਸਵੰਤ ਸਿੰਘ ਜ਼ਫ਼ਰ ਨਾਲ ਕੀਤੀ ਮੀਟਿੰਗ ਦੌਰਾਨ ਜਾਇਜ਼ਾ ਲਿਆ। ਸ. ਬੈਂਸ ਨੇ ਭਾਸ਼ਾ ਵਿਭਾਗ ਪੰਜਾਬ ਵੱਲੋਂ ਵੱਡਮੁੱਲੀਆਂ ਕਿਤਾਬਾਂ ਦੀ ਡਿਜ਼ੀਟਾਈਜੇਸ਼ਨ ਦੇ ਕਾਰਜ ਦੀ ਸਮੀਖਿਆ ਕੀਤੀ। ਇਸ ਕਾਰਜ ਨੂੰ ਦੁਰਲੱਭ ਤੇ ਵੱਡਮੁੱਲੀਆਂ ਪੁਸਤਕਾਂ ਦੀ ਸੰਭਾਲ ਅਤੇ ਦੁਨੀਆ ਭਰ ਵਿੱਚ ਬੈਠੇ ਪੰਜਾਬੀਆਂ ਤੱਕ ਪਹੁੰਚਾਉਣ ਵਾਲਾ ਉੱਦਮ ਕਰਾਰ ਦਿੱਤਾ। ਇਸ ਤੋਂ ਇਲਾਵਾ ਵਿਭਾਗ ਵੱਲੋਂ ਵੈੱਬਸਾਈਟ ਜਰੀਏ ਈ-ਪੁਸਤਕਾਂ, ਆਡੀਓ ਪੁਸਤਕਾਂ ਤੇ ਸ਼ਬਦ ਕੋਸ਼ਾਂ ਦੇ ਰੂਪ 'ਚ ਪੰਜਾਬੀ ਪ੍ਰੇਮੀਆਂ ਨੂੰ ਮਿਆਰੀ ਪੜ੍ਹਨ ਸਮੱਗਰੀ ਮੁਹੱਈਆ ਕਰਵਾਉਣ ਦੇ ਕਾਰਜ ਦੀ ਸ਼ਲਾਘਾ ਕੀਤੀ। ਉਨ੍ਹਾਂ ਰਾਜ ਭਾਸ਼ਾ ਐਕਟ ਤਹਿਤ ਉੱਚ ਦਫ਼ਤਰਾਂ ਵਿੱਚ ਪੰਜਾਬੀ ਭਾਸ਼ਾ ਲਾਗੂ ਕਰਵਾਉਣ ਲਈ ਵਿਭਾਗ ਵੱਲੋਂ ਆਰੰਭੀ ਗਈ ਮੁਹਿੰਮ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਭਾਗ ਵੱਲੋਂ ਪੰਜਾਬੀ ਭਾਸ਼ਾ ਨੂੰ ਮਸ਼ੀਨੀ ਬੁੱਧੀਮਾਨਤਾ ਦੇ ਖੇਤਰ 'ਚ ਮਜ਼ਬੂਤ/ਸਥਾਪਤ ਕਰਨ ਲਈ ਲਗਾਈਆਂ ਜਾ ਰਹੀਆਂ ਵਰਕਸ਼ਾਪਾਂ ਅਤੇ ਤਕਨੀਕੀ ਸਰਗਰਮੀਆਂ ਜਾਰੀ ਰੱਖਣ ਲਈ ਕਿਹਾ। ਸ. ਬੈਂਸ ਨੇ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਵਿਲੱਖਣ ਕਾਰਜ ਕੀਤੇ ਜਾ ਰਹੇ ਹਨ, ਜਿੰਨ੍ਹਾਂ ਨੂੰ ਜਾਰੀ ਰੱਖਣ ਲਈ ਵਿਭਾਗ ਦੀ ਸਰਕਾਰ ਵੱਲੋਂ ਹਰ ਸੰਭਵ ਮੱਦਦ ਕੀਤੀ ਜਾਵੇਗੀ। ਉਨ੍ਹਾਂ ਵਿਭਾਗ ਵੱਲੋਂ ਲੰਬੇ ਸਮੇਂ ਤੋਂ ਲੰਬਿਤ ਪਏ ਕਾਰਜਾਂ ਨੂੰ ਨਿਪਟਾਉਣ ਦੀ ਸ਼ਲਾਘਾ ਕੀਤੀ। ਸ. ਬੈਂਸ ਨੇ ਇਸ ਮੌਕੇ ਕਿਹਾ ਕਿ ਵਿਭਾਗ ਵੱਲੋਂ ਨਾਮਵਰ ਲੇਖਕਾਂ ਨਾਲ ਵੱਧ ਤੋਂ ਵੱਧ ਮੁਲਾਕਾਤਾਂ ਰਿਕਾਰਡ ਕੀਤੀਆਂ ਜਾਣ ਅਤੇ ਸੋਸ਼ਲ ਮੀਡੀਆ ਰਾਹੀਂ ਨਸ਼ਰ ਕੀਤੀਆਂ ਜਾਣ ਤਾਂ ਕਿ ਨਵੀਂ ਪੀੜ੍ਹੀ ਵੱਧ ਤੋਂ ਵੱਧ ਸਾਹਿਤ ਨਾਲ ਜੁੜ ਸਕੇ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਦੇ ਪ੍ਰਚਾਰ/ਪਸਾਰ ਲਈ ਪੰਜਾਬ ਤੋਂ ਬਾਹਰ ਸਮਾਗਮਾਂ ਦਾ ਆਯੋਜਨਾਂ ਵੱਡੇ ਪੱਧਰ 'ਤੇ ਕੀਤਾ ਜਾਵੇ ਤਾਂ ਜੋ ਪੰਜਾਬ ਤੋਂ ਬਾਹਰ ਬੈਠੇ ਪੰਜਾਬੀਆਂ ਦੀਆਂ ਅਗਲੀਆਂ ਪੀੜ੍ਹੀਆਂ ਵੀ ਪੰਜਾਬੀ ਭਾਸ਼ਾ ਤੇ ਸੱਭਿਆਚਾਰ ਨਾਲ ਜੁੜੀਆਂ ਰਹਿਣ। ਉਨ੍ਹਾਂ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਪੁਸਤਕ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਵੱਖ-ਵੱਖ ਮੌਕਿਆਂ 'ਤੇ ਕਿਤਾਬਾਂ ਨੂੰ ਤੋਹਫ਼ਿਆਂ ਦੇ ਰੂਪ 'ਚ ਦੇਣ ਦਾ ਰੁਝਾਨ ਪੈਦਾ ਕੀਤਾ ਜਾਵੇ। ਇਸ ਮੌਕੇ ਡਾਇਰੈਕਟਰ ਭਾਸ਼ਾ ਵਿਭਾਗ ਸ. ਜਸਵੰਤ ਸਿੰਘ ਜ਼ਫ਼ਰ ਨੇ ਸ. ਬੈਂਸ ਨੂੰ ਲਿਖਤੀ ਰੂਪ ਵਿੱਚ ਵਿਭਾਗੀ ਮੁੱਦਿਆਂ ਸਬੰਧੀ ਜਾਣੂ ਕਰਵਾਇਆ, ਜਿਨ੍ਹਾਂ ਵਿੱਚ ਵਿਭਾਗ 'ਚ ਖਾਲੀ ਅਸਾਮੀਆਂ ਭਰਨ ਦੀ ਪ੍ਰਕਿਰਿਆ ਤੇਜ਼ ਕਰਨ, ਵੱਡਮੁੱਲੀਆਂ ਪੁਸਤਕਾਂ ਤੇ ਵਿਭਾਗੀ ਰਸਾਲਿਆਂ ਦੀ ਛਪਾਈ ਦੇ ਬਕਾਇਆ ਪਏ ਕਾਰਜ ਜਲਦੀ ਨੇਪਰੇ ਚਾੜ੍ਹਨ ਅਤੇ ਸਾਹਿਤ ਸਦਨ ਸਬੰਧੀ ਮੁੱਦੇ ਸ਼ਾਮਲ ਹਨ। ਡਾਇਰੈਕਟਰ ਭਾਸ਼ਾਵਾਂ ਵੱਲੋਂ ਧਿਆਨ 'ਚ ਲਿਆਂਦੇ ਗਏ ਸਾਰੇ ਮੁੱਦਿਆਂ ਸਬੰਧੀ ਸ. ਬੈਂਸ ਨੇ ਸਬੰਧਤ ਵਿਭਾਗਾਂ ਤੋਂ ਜਲਦੀ ਰਿਪੋਰਟ ਲੈ ਕੇ ਲੋੜੀਦੀ ਕਾਰਵਾਈ ਕਰਨ ਦਾ ਭਰੋਸਾ ਦਿਵਾਇਆ। ਉਨ੍ਹਾਂ ਪੁਸਤਕਾਂ ਦੀ ਛਪਾਈ ਸਬੰਧੀ ਜਲਦੀ ਹੀ ਸਬੰਧਤ ਵਿਭਾਗ ਨਾਲ ਜਲਦੀ ਮੀਟਿੰਗ ਕਰਨ ਦੇ ਆਦੇਸ਼ ਵੀ ਜਾਰੀ ਕੀਤੇ।



## ਪੰਜਾਬ ਸਰਕਾਰ ਨੇ ਡੇਂਗੂ ਦੇ ਮਰੀਜ਼ਾਂ ਲਈ ਚੁੱਕੇ ਖਾਸ ਕਦਮ

ਪਟਿਆਲਾ, 24 ਮਈ (ਚ.ਨ.ਸ.) : ਸਿਹਤ ਮੰਤਰੀ ਦੇ ਦਿਸ਼ਾ ਨਿਰਦੇਸ਼ਾਂ 'ਤੇ ਜ਼ਿਲ੍ਹਾ ਪਟਿਆਲਾ ਦੇ ਸਿਹਤ ਵਿਭਾਗ ਦੇ ਆਮ ਆਦਮੀ ਕਲੀਨਿਕਾਂ ਵਿੱਚ ਡੇਂਗੂ ਦਾ ਅਲਾਈਜਾ ਟੈਸਟ ਮੁਫਤ ਕੀਤੇ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ.ਜਗਪਾਲਇੰਦਰ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਆਮ ਆਦਮੀ ਕਲੀਨਿਕਾਂ ਦੇ ਡਾਕਟਰਾਂ ਅਤੇ ਸਟਾਫ ਨੂੰ ਡੇਂਗੂ ਮਰੀਜ਼ਾਂ ਦੀ ਪਹਿਚਾਣ, ਇਲਾਜ, ਟੈਸਟ ਅਤੇ ਖਤਰੇ ਦੇ ਚਿੰਨਾਂ ਦੀ ਸਮੇਂ-ਸਿਰ ਪਛਾਣ ਕਰਨ ਲਈ ਟ੍ਰੇਨਿੰਗ ਦਿੱਤੀ ਗਈ। ਜ਼ਿਲ੍ਹਾ ਐਪੀਡੀਮੋਲੋਜਿਸਟ ਡਾ.ਸੁਮੀਤ ਸਿੰਘ ਨੇ ਆਨਲਾਈਨ ਸੈਸ਼ਨ ਦੌਰਾਨ ਡੇਂਗੂ ਦੇ ਲੱਛਣ ਅਚਾਨਕ ਪੇਟ ਵਿੱਚ ਦਰਦ ਹੋਣਾ, ਬੀ.ਪੀ ਦਾ ਘਟਨਾ, 24 ਘੰਟੇ ਤੋਂ ਵੱਧ ਪੇਸ਼ਾਬ ਦਾ ਨਾ ਆਉਣਾ, ਨੱਕ ਜਾਂ ਮਸੂੜੇ ਰਾਹੀਂ ਖ਼ੂਨ ਦਾ ਆਉਣਾ, ਮਰੀਜ ਦਾ ਬੇਸੁਰਤ ਹੋਣਾ ਆਦਿ ਸਾਹਮਣੇ ਆਉਣ 'ਤੇ ਮਰੀਜ਼ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਜਾਵੇ। ਉਹਨਾਂ ਦੱਸਿਆ ਕਿ ਰਾਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿੱਚ ਐਸ.ਡੀ.ਪੀ ਕਿਟ ਦੀ ਸੁਵਿਧਾ ਮੁਫਤ ਦਿੱਤੀ ਜਾਵੇਗੀ।

## ਰੰਗਲਾ ਪੰਜਾਬ ਬਣਾਉਣ ਲਈ ਦਿਨ-ਰਾਤ ਕੀਤੇ ਜਾ ਰਹੇ ਨੇ ਕਾਰਜ : ਹਰਚੰਦ ਸਿੰਘ ਬਰਸਟ

### ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



ਪਟਿਆਲਾ, 24 ਮਈ (ਚ.ਨ.ਸ.) : ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪੰਜਾਬ ਨੂੰ ਰੰਗਲਾ ਅਤੇ ਖੁਸ਼ਹਾਲ ਬਣਾਉਣ ਲਈ ਦਿਨ-ਰਾਤ ਕਾਰਜ ਕਰ ਰਹੀ ਹੈ। ਪੰਜਾਬ ਦੀ ਬਦਲਦੀ ਨੁਹਾਰ ਸੂਬੇ ਦੇ ਵਿਕਾਸ ਨੂੰ ਦਰਸ਼ਾਉਂਦੀਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ. ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਅਤੇ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ (ਆਪ), ਪੰਜਾਬ ਵੱਲੋਂ ਕੀਤਾ ਗਿਆ। ਅੱਜ ਸ. ਬਰਸਟ ਨੇ ਪਟਿਆਲਾ ਦਫ਼ਤਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਜਨਤਾ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਦੌਰਾਨ ਸ. ਬਰਸਟ ਵੱਲੋਂ ਜਲਦ ਤੋਂ ਜਲਦ ਸਮੱਸਿਆਵਾਂ ਦਾ ਹੱਲ ਕਰਵਾਉਣ ਦਾ ਭਰੋਸਾ ਦਵਾਇਆ ਗਿਆ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਹਮੇਸ਼ਾ ਲੋਕਾਂ ਦੇ ਨਾਲ ਖੜੀ ਹੈ। ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਇਸ ਮੁਹਿੰਮ ਵਿੱਚ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ, ਤਾਂ ਜੋ ਰੰਗਲਾ ਅਤੇ ਖੁਸ਼ਹਾਲ ਪੰਜਾਬ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਿੰਡਾਂ ਦੀ ਤਰੱਕੀ ਅਤੇ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਸੂਬੇ ਦੇ ਪਿੰਡਾਂ ਦੀਆਂ ਲਿੰਕ ਸੜਕਾਂ ਦੀ ਉਸਾਰੀ ਅਤੇ ਮੁਰੰਮਤ ਦੇ ਕਾਰਜ ਵੀ ਜੋਰਾਂ ਸ਼ੋਰਾਂ ਨਾਲ ਸ਼ੁਰੂ ਕਰ ਦਿੱਤੇ ਗਏ ਹਨ। ਇਸ ਮੌਕੇ ਪ੍ਰਭਦੀਪ ਸਿੰਘ ਸਰਪੰਚ ਨਿਰਵਾਨ, ਅਕਾਸ਼ਦੀਪ ਸਿੰਘ ਸਰੰਪਚ ਜੱਲ੍ਹਾ, ਹਰਵਿੰਦਰ ਸਿੰਘ, ਜਗਰੂਪ ਸਿੰਘ, ਬਲਵੰਤ ਸਿੰਘ, ਅਨੁਰਾਗ ਪਾੱਲ, ਅਮਨਦੀਪ ਸਿੰਘ ਮੌੜ ਕਲਾਂ, ਗੁਰਮੀਤ ਸਿੰਘ, ਹਰਭੁਪਿੰਦਰ ਸਿੰਘ ਰਾਠੀ, ਬਲਜਿੰਦਰ ਸਿੰਘ, ਸਤਨਾਮ ਸਿੰਘ, ਪ੍ਰਗਟ ਸਿੰਘ ਸਮੇਤ ਹੋਰ ਵੀ ਮੌਜੂਦ ਰਹੇ।

## ਤਾਇਕਵਾਂਡੋ 'ਚ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ




ਸਮਾਣਾ, 24 ਮਈ (ਵਿਜੇ ਕੁਮਾਰ) : ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀ: ਸੈਕੰਡਰੀ ਸਕੂਲ ਫਤਿਹਪੁਰ ਦੇ ਪ੍ਰਿੰਸੀਪਲ ਸੁਨੀਤਾ ਰਾਣੀ ਦੀ ਅਗਵਾਈ 'ਚ ਅਤੇ ਵਰਲਡ ਰਿਕਾਰਡ ਹੋਲਡਰ ਤਾਇਕਵਾਂਡੋ ਕੋਚ ਸਤਵਿੰਦਰ ਸਿੰਘ ਅਤੇ ਇੰਟਰਨੈਸ਼ਨਲ ਕੋਚ ਅਰਮਾਨ ਸਿੰਘ ਦੀ ਦੇਖ-ਰੇਖ ਹੇਠ 7ਵਾਂ ਪੰਜਾਬ ਤਾਇਕਵਾਂਡੋ ਕੈਂਪ ਪਟਿਆਲਾ ਤਾਇਕਵਾਂਡੋ ਐਸੋਸੀਏਸ਼ਨ ਆਯੋਜਿਤ ਕੀਤਾ ਗਿਆ। ਜਿਸ ਵਿਚ ਜਿਥੇ ਪੂਰੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ 600 ਬੱਚਿਆਂ ਨੇ ਭਾਗ ਲਿਆ, ਉਥੇ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀ: ਸੈਕੰਡਰੀ ਸਕੂਲ ਦੇ 88 ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਸ ਦੌਰਾਨ ਵਿਦਿਆਰਥੀਆਂ ਨੇ ਚੰਗਾ ਪ੍ਰਦਰਸ਼ਨ ਕਰਦਿਆਂ 13 ਸੋਨੇ, 26 ਚਾਂਦੀ ਅਤੇ 49 ਕਾਂਸੀ ਦੇ ਮੈਡਲ ਹਾਸਲ ਕੀਤੇ। ਪ੍ਰਿੰਸੀਪਲ ਸੁਨੀਤਾ ਰਾਣੀ ਨੇ ਦੱਸਿਆ ਕਿ ਅੱਜ ਦੇ ਸਮੇਂ ਵਿਚ ਸਵੈ ਰੱਖਿਆ ਹਰੇਕ ਵਿਦਿਆਰਥੀ ਨੂੰ ਸਿੱਖਣਾ ਜਰੂਰੀ ਹੈ। ਸਕੂਲ ਕਮੇਟੀ ਪ੍ਰਧਾਨ ਪ੍ਰਦਮਨ ਸਿੰਘ ਵਿਰਕ, ਜਨਰਲ ਸਕੱਤਰ ਡਾ. ਹਰਭਜਨ ਸਿੰਘ, ਗੁਲਜਾਰ ਸਿੰਘ, ਜਸਵੰਤ ਸਿੰਘ, ਗੁਰਦੇਵ ਸਿੰਘ, ਬਲਵਿੰਦਰ ਸਿੰਘ, ਬਾਬਾ ਸਾਹਿਬ ਸਿੰਘ, ਪ੍ਰਿੰਸੀਪਲ ਸੁਨੀਤਾ ਰਾਣੀ, ਬਲਬੀਰ ਸਿੰਘ ਧਾਰੀਵਾਲ ਨੇ ਵੀ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਪੰਜਾਬੀ ਯੂਨੀਵਰਸਿਟੀ ਵਿਖੇ ਉੱਘੇ ਵਿਦਵਾਨ ਮਰਹੂਮ ਡਾ. ਰਤਨ ਸਿੰਘ ਜੱਗੀ ਨੂੰ ਦਿੱਤੀ ਸ਼ਰਧਾਂਜਲੀ

### ☛ਡਾ. ਰਤਨ ਸਿੰਘ ਜੱਗੀ ਜਿਹੀਆਂ ਉੱਚ ਦੁਮਾਲੜੇ ਕੱਦ ਵਾਲੀਆਂ ਸ਼ਖ਼ਸੀਅਤਾਂ ਹਨ ਪੰਜਾਬੀ ਯੂਨੀਵਰਸਿਟੀ ਦਾ ਮਾਣ: ਡਾ. ਜਗਦੀਪ ਸਿੰਘ

ਪਟਿਆਲਾ, 24 ਮਈ (ਚ.ਨ.ਸ.) : ਲੰਘੇ ਕੱਲ੍ਹ ਸਦੀਵੀਂ ਵਿਛੋੜਾ ਦੇ ਗਏ ਉੱਘੇ ਵਿਦਵਾਨ ਅਤੇ ਖੋਜੀ ਡਾ. ਰਤਨ ਸਿੰਘ ਜੱਗੀ ਨੂੰ ਸ਼ਰਧਾਂਜਲੀ ਦੇਣ ਹਿਤ ਪੰਜਾਬੀ ਯੂਨੀਵਰਸਿਟੀ ਵਿਖੇ ਸ਼ੋਕ ਸਭਾ ਕਰਵਾਈ ਗਈ। ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਵੱਲੋਂ ਇਸ ਮੌਕੇ ਸ਼ੋਕ ਮਤਾ ਪੜ੍ਹਦਿਆਂ ਉਨ੍ਹਾਂ ਦੇ ਇਸ ਅਸਹਿ ਵਿਛੋੜੇ ਉੱਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਹੋਣਹਾਰ ਵਿਦਵਾਨ ਡਾ. ਜੱਗੀ ਨੂੰ ਨਿੱਘੀ ਸ਼ਰਧਾਂਜਲੀ ਭੇਟ ਕਰਦਿਆਂ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਅਤੇ ਉਨ੍ਹਾਂ ਦੇ ਸਮੂਹ ਪਾਠਕਾਂ ਨਾਲ਼ ਦੁੱਖ ਵਿੱਚ ਸ਼ਰੀਕ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਨੂੰ ਮਾਣ ਹੈ ਕਿ ਡਾ. ਜੱਗੀ ਜਿਹੀਆਂ ਉੱਚ ਦੁਮਾਲੜੇ ਕੱਦ ਵਾਲ਼ੀਆਂ ਸ਼ਖ਼ਸੀਅਤਾਂ ਯੂਨੀਵਰਸਿਟੀ ਨਾਲ਼ ਜੁੜੀਆਂ ਹੋਈਆਂ ਹਨ। ਅਜਿਹਾ ਹੋਣਾ ਪੰਜਾਬੀ ਯੂਨੀਵਰਸਿਟੀ ਦੀ ਮਹਾਨ ਵਿਰਾਸਤ ਦਾ ਪ੍ਰਮਾਣ ਪੇਸ਼ ਕਰਦਾ ਹੈ। ਜ਼ਿਕਰਯੋਗ ਹੈ ਕਿ ਯੂਨੀਵਰਸਿਟੀ ਵੱਲੋਂ ਡੀਨ ਅਕਾਦਮਿਕ ਮਾਮਲੇ ਪ੍ਰੋ. ਨਰਿੰਦਰ ਕੌਰ ਮੁਲਤਾਨੀ ਅਤੇ ਰਜਿਸਟਰਾਰ ਪ੍ਰੋ. ਸੰਜੀਵ ਪੁਰੀ ਡਾ. ਰਤਨ ਸਿੰਘ ਜੱਗੀ ਦੇ ਅੰਤਿਮ ਸਸਕਾਰ ਦੀ ਰਸਮ ਮੌਕੇ ਵੀ ਪੇਸ਼ ਹੋਏ। ਸ਼ੋਕ ਸਭਾ ਮੌਕੇ ਯੂਨੀਵਰਸਿਟੀ ਦੇ ਵੱਖ-ਵੱਖ ਅਧਿਕਾਰੀਆਂ ਤੋਂ ਇਲਾਵਾ ਅਧਿਆਪਨ ਅਤੇ ਗ਼ੈਰ ਅਧਿਆਪਨ ਅਮਲੇ ਦੇ ਮੈਂਬਰ ਹਾਜ਼ਰ ਰਹੇ। ਜ਼ਿਕਰਯੋਗ ਹੈ ਕਿ ਪੰਜਾਬੀ ਯੂਨੀਵਰਸਿਟੀ ਲੰਬਾ ਸਮਾਂ ਡਾ. ਜੱਗੀ ਦੀ ਕਰਮਭੂਮੀ ਰਹੀ ਹੈ। ਖੋਜ, ਸਮੀਖਿਆ ਅਤੇ ਚਿੰਤਨ ਦੇ ਵਧੇਰੇ ਕਾਰਜ ਉਨ੍ਹਾਂ ਪੰਜਾਬੀ ਯੂਨੀਵਰਸਿਟੀ ਨਾਲ਼ ਜੁੜ ਕੇ ਹੀ ਸੰਪੰਨ ਕੀਤੇ ਹਨ। ਪੰਜਾਬੀ ਯੂਨੀਵਰਸਿਟੀ ਵੱਲੋਂ ਉਨ੍ਹਾਂ ਨੂੰ ਲਾਈਫ਼ ਫੈਲੋਸ਼ਿਪ ਪ੍ਰਦਾਨ ਕੀਤੀ ਹੋਈ ਸੀ।



## ਸਿਲੰਡਰ ਫਟਣ ਕਾਰਨ ਔਰਤ ਦੀ ਮੌਤ

ਪਟਿਆਲਾ, 24 ਮਈ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਕੋਲ ਸੁਮਨ ਰਾਏ ਪੁੱਤਰ ਭੁਪਿੰਦਰ ਰਾਏ ਵਾਸੀ ਪਿੰਡ ਸੂਹਤ ਜ਼ਿਲ੍ਹਾ ਸਾਰਸਾ ਬਿਹਾਰ ਹਾਲ ਕਿਰਾਏਦਾਰ ਸੰਦੀਪ ਇਨਕਲੇਵ ਧਾਮੋਮਾਜਰਾ ਰੋਡ ਪਟਿਆਲਾ ਨੇ ਕਥਿਤ ਦੋਸ਼ੀ ਰਾਜੂ ਕੁਮਾਰ ਵਾਸੀ ਤਾਜਪੁਰ ਥਾਣਾ ਦਿਮਤ ਕੋਤਵਾਲੀ ਜ਼ਿਲ੍ਹਾ ਗੋਂਡਾ ਯੂ.ਪੀ. ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਦੋਸ਼ੀ ਉਸ ਦੇ ਨਾਲ ਵਾਲੇ ਕਮਰੇ ਵਿੱਚ ਕਿਰਾਏ ਪਰ ਰਹਿੰਦਾ ਹੈ, ਜੋ ਇੰਡੇਨ ਗੈਸ ਵਿੱਚ ਨੌਕਰੀ ਕਰਦਾ ਹੈ ਅਤੇ ਬੀੜੀ/ਸਿਗਰਟ ਪੀਣ ਦਾ ਆਦੀ ਹੈ, ਜੋ ਅਕਸਰ ਹੀ ਗੈਸ ਸਿਲੰਡਰਾਂ ਵਿੱਚੋ ਥੋੜੀ-ਥੋੜੀ ਗੈਸ ਕੱਢ ਕੇ ਖਾਲੀ ਸਿਲੰਡਰਾਂ ਵਿੱਚ ਭਰਦਾ ਸੀ। ਉਸ ਦੀ ਪਤਨੀ ਕੰਮ ਕਰ ਰਹੀ ਸੀ ਤਾਂ ਅਚਾਨਕ ਸਿਲੰਡਰ ਫਟਣ ਦੀ ਅਵਾਜ ਆਈ, ਜੋ ਗੈਸ ਸਿਲੰਡਰ ਕਮਰੇ ਦੀ ਛੱਤ ਪਾੜ ਕੇ ਨਿਕਲ ਗਿਆ, ਜਿਸ ਕਰਕੇ ਕਮਰੇ ਦੀ ਛੱਤ ਡਿੱਗ ਪਈ ਅਤੇ ਉਸ ਦੀ ਪਤਨੀ ਰੇਨੂੰ ਮਲਬੇ ਹੇਠਾਂ ਆ ਕੇ ਦੱਬ ਗਈ, ਜਿਸ ਨੂੰ ਬਾਹਰ ਕੱਢ ਕੇ ਹਸਪਤਾਲ ਲਿਜਾਇਆ ਗਿਆ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਪੁਲਿਸ ਨੇ ਧਾਰਾ 105,324(4) ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਕੇਜਰੀਵਾਲ ਤੇ ਮਾਨ ਵੱਲੋਂ ਮਹਾਰਾਜਾ ਅਗਰਸੈਨ ਦੀ ਨਵੀਂ ਉਸਾਰੀ ਦਾ ਉਦਘਾਟਨ ਅੱਜ



ਨਾਭਾ, 24 ਮਈ (ਗੁਰਚਰਨ ਸਿੰਘ ਚੌਧਰੀਮਾਜਰਾ) : ਅਗਰਵਾਲ ਸਭਾ ਨਾਭਾ ਵੱਲੋਂ ਮਹਾਰਾਜਾ ਅਗਰਸੈਨ ਜੀ ਦੀ ਨਵੀਂ ਉਸਾਰੀ ਦਾ ਉਦਘਾਟਨ ਸਮਾਰੋਹ ਦੀਆਂ ਤਿਆਰੀਆਂ ਸ਼ੁਰੂ ਹੋ ਗਈਆਂ ਹਨ, ਜਿਸ ਦਾ ਅੱਜ ਜਾਇਜ਼ਾ ਲੈਣ ਲਈ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਡਿਪਟੀ ਕਮਿਸ਼ਨਰ ਮੈਡਮ ਪ੍ਰੀਤੀ ਯਾਦਵ ਪਟਿਆਲਾ, ਐਸਐਸਪੀ ਪਟਿਆਲਾ ਵਰੁਣ ਸ਼ਰਮਾ, ਏਡੀਸੀ ਮੈਡਮ ਈਸ਼ਾ ਸਿੰਗਲ ਪਟਿਆਲਾ, ਐਸਡੀਐਮ ਨਾਭਾ ਮੈਡਮ ਇਸਮਤ ਵਿਜੈ ਸਿੰਘ, ਡੀਐਸਪੀ ਨਾਭਾ ਮਨਦੀਪ ਕੌਰ ਵਿਸ਼ੇਸ਼ ਤੌਰ 'ਤੇ ਮਹਾਰਾਜ ਅਗਰਸੈਨ ਪਾਰਕ ਪਟਿਆਲਾ ਗੇਟ ਨਾਭਾ ਵਿਖੇ ਪਹੁੰਚੇ। ਉਹਨਾਂ ਵੱਲੋਂ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ ਕਿ ਪੁਖਤਾ ਇੰਤਜ਼ਾਮ ਕੀਤੇ ਜਾਣ ਤਾਂ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਅਤੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਮੁੱਖ ਮਹਿਮਾਨ ਵਜੋਂ, ਪਾਰਟੀ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਵਰਿੰਦਰ ਗੋਇਲ ਕੈਬਨਿਟ ਮੰਤਰੀ ਵਿਸ਼ੇਸ਼ ਮਹਿਮਾਨ ਵਜੋਂ ਨਾਭਾ ਵਿਖੇ ਉਦਘਾਟਨ ਕਰਨ ਲਈ ਪਹੁੰਚ ਰਹੇ ਹਨ। ਹਲਕਾ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਇਹ ਪ੍ਰੋਗਰਾਮ ਮਿਤੀ 25 ਮਈ 2025 ਨੂੰ ਸਵੇਰੇ 11 ਵਜੇ ਮਹਾਰਾਜਾ ਅਗਰਸੈਨ ਪਾਰਕ ਪਟਿਆਲਾ ਗੇਟ ਨਾਭਾ ਵਿਖੇ ਹੋਵੇਗਾ। ਇਸ ਮੌਕੇ ਅਗਰਵਾਲ ਸਭਾ ਦੇ ਸਮੂਹ ਅਹੁਦੇਦਾਰ ਮੌਜੂਦ ਸਨ।

## ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਸਕੱਤਰ ਨੇ ਨਾਭਾ 'ਚ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀਆਂ ਨੂੰ ਉੱਚੀਆਂ ਉਡਾਰੀਆਂ ਮਾਰਨ ਲਈ ਪ੍ਰੇਰਿਆ

### ਵਿਦਿਆਰਥੀ ਆਰਾਮ ਪ੍ਰਸਤੀ ਛੱਡ ਕੇ ਆਪਣੀ ਅਸਲੀ ਤਾਕਤ ਪਛਾਣ ਕੇ ਮਿੱਥਿਆ ਨਿਸ਼ਾਨਾ ਪ੍ਰਾਪਤ ਕਰ ਸਕਦੇ ਨੇ : ਰਾਮਵੀਰ

ਨਾਭਾ, 24 ਮਈ (ਅੰਮ੍ਰਿਤਪਾਲ ਸਿੰਘ/ਗੁਰਚਰਨ ਸਿੰਘ ਚੌਧਰੀਮਾਜਰਾ) : ਸੂਚਨਾ ਅਤੇ ਲੋਕ ਸੰਪਰਕ ਵਿਭਾਗ ਤੇ ਪੰਜਾਬ ਮੰਡੀ ਬੋਰਡ ਦੇ ਸਕੱਤਰ ਸ੍ਰੀ ਰਾਮਵੀਰ ਨੇ ਅੱਜ ਸਕੂਲੀ ਵਿਦਿਆਰਥੀਆਂ ਨੂੰ ਮਿੱਥੇ ਟੀਚਿਆਂ ਤੱਕ ਪੁੱਜਣ ਲਈ ਆਪਣੀ ਅਸਲੀ ਤਾਕਤ ਪਛਾਣ ਕੇ ਵੱਧ ਤੋਂ ਵੱਧ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਹ ਪੰਜਾਬ ਸਰਕਾਰ ਦੀ ਨਿਵੇਕਲੀ ਪਹਿਲਕਦਮੀ 'ਸਕੂਲ ਮੈਂਟਰਸ਼ਿਪ' ਪ੍ਰੋਗਰਾਮ ਤਹਿਤ ਨਾਭਾ ਦੇ ਸਕੂਲ ਆਫ਼ ਐਮੀਨੈਂਸ (ਲੜਕਿਆਂ ਦਾ ਸਕੂਲ) ਵਿਖੇ ਵਿਦਿਆਰਥੀਆਂ ਦੇ ਮੈਂਟਰ ਵਜੋਂ ਸੰਬੋਧਨ ਕਰ ਰਹੇ ਸਨ। ਇਸ ਮੌਕੇ ਸ੍ਰੀ ਰਾਮਵੀਰ ਨੇ ਪਟਿਆਲਾ ਜ਼ਿਲ੍ਹੇ 'ਚ ਡਿਪਟੀ ਕਮਿਸ਼ਨਰ ਵਜੋਂ ਨਿਭਾਈ ਸੇਵਾ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਜ਼ਿਲ੍ਹੇ ਦੇ ਕਰੀਬ ਪਿੰਡ ਦਾ ਦੌਰਾ ਕੀਤਾ ਹੋਇਆ ਹੈ ਜਿਸ ਕਰਕੇ ਇਹ ਵਿਦਿਆਰਥੀ ਉਨ੍ਹਾਂ ਲਈ ਨਵੇਂ ਨਹੀਂ ਹਨ, ਇਸ ਲਈ ਸਾਰੇ ਬੱਚੇ ਆਪਣੀ ਸ਼ਖ਼ਸੀਅਤ ਉਸਾਰੀ ਲਈ ਉਨ੍ਹਾਂ ਸਮੇਤ ਆਪਣੇ ਅਧਿਆਪਕਾਂ ਨੂੰ ਵੀ ਬਿਨ੍ਹਾਂ ਝਿਜਕੇ ਵੱਧ ਤੋਂ ਵੱਧ ਸਵਾਲ ਪੁੱਛਣ ਲਈ ਅੱਗੇ ਆਉਣ। ਕਈ ਵਿਦਿਆਰਥੀਆਂ ਵੱਲੋਂ ਆਈਏਐਸ ਤੇ ਪੀਸੀਐਸ ਬਣਨ ਦੀ ਇੱਛਾ ਜਾਹਰ ਕਰਨ 'ਤੇ ਸ੍ਰੀ ਰਾਮਵੀਰ ਨੇ ਬੱਚਿਆਂ ਨੂੰ ਸਵੇਰੇ ਸੁਵੱਖਤੇ ਉਠਣ ਦੀ ਆਦਤ ਪਾਉਣ ਸਮੇਤ ਸਫ਼ਲਤਾ ਦੇ ਗੁਰ ਦੱਸਦਿਆਂ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਮੱਲ੍ਹਾਂ ਮਾਰਨ ਲਈ ਪ੍ਰੇਰਿਤ ਕੀਤਾ, ਜਿਸ ਨਾਲ ਉਹ ਸਰੀਰਕ ਤੇ ਦਿਮਾਗੀ ਤੌਰ 'ਤੇ ਤੰਦਰੁਸਤ ਰਹਿਣਗੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਲਈ ਅਸੀਮ ਮੌਕੇ ਹਨ, ਜਿਨ੍ਹਾਂ ਨੂੰ ਪ੍ਰਾਪਤ ਕਰਨ ਲਈ ਲਗਾਤਾਰ ਮਿਹਨਤ ਕਰਨ, ਦ੍ਰਿੜ੍ਹ ਨਿਸ਼ਚਾ ਧਾਰਨ ਅਤੇ ਆਰਾਮ ਪ੍ਰਸਤੀ ਨੂੰ ਤਿਆਗਣ ਦੀ ਲੋੜ ਹੋਵੇਗੀ। ਉਨ੍ਹਾਂ ਸੱਦਾ ਦਿੱਤਾ ਕਿ ਬੱਚੇ ਇਸ ਮੈਂਟਰਸ਼ਿਪ ਪ੍ਰੋਗਰਾਮ ਤੋਂ ਮਾਰਗਦਰਸ਼ਨ ਲੈਕੇ ਆਪਣੀ ਅਸਲੀ ਤਾਕਤ ਪਛਾਣਨ ਤੇ ਮਿੱਥੇ ਨਿਸ਼ਾਨੇ ਹਾਸਲ ਕਰਨ ਲਈ ਜੁੱਟ ਜਾਣ। ਸੀਨੀਅਰ ਆਈਏਐਸ ਅਧਿਕਾਰੀ ਸ੍ਰੀ ਰਾਮਵੀਰ ਨੇ 1991 'ਚ ਆਪਣੇ 10 ਕਿਲੋਮੀਟਰ ਦੂਰ ਸਕੂਲ ਜਾਣ ਸਮੇਂ ਦੀ ਕਹਾਣੀ ਸੁਣਾਉਂਦਿਆਂ ਦੱਸਿਆ ਕਿ ਇੱਕ ਦਿਨ ਬੱਸਾਂ ਦੀ ਹੜਤਾਲ ਦੇ ਬਾਵਜੂਦ ਉਸਨੂੰ ਕਿਸੇ ਅੰਦਰੂਨੀ ਤਾਕਤ ਨੇ ਪੈਦਲ ਚੱਲ ਕੇ ਸਕੂਲ ਜਾਣ ਲਈ ਪ੍ਰੇਰਿਆ ਅਤੇ ਅੱਜ ਉਸੇ ਤਾਕਤ ਨੇ ਹੀ ਉਨ੍ਹਾਂ ਨੂੰ ਇਸ ਮੁਕਾਮ ਤੱਕ ਪਹੁੰਚਾਇਆ ਹੈ। ਸ੍ਰੀ ਰਾਮਵੀਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸ਼ੁਰੂ ਕੀਤੀ ਸਕੂਲ ਮੈਂਟਰਸ਼ਿਪ ਪ੍ਰੋਗਰਾਮ ਦੀ ਨਿਵੇਕਲੀ ਪਹਿਲਕਦਮੀ ਪੰਜਾਬ ਸਰਕਾਰ ਦੀ ਦੂਰਦਰਸ਼ੀ ਸੋਚ ਦਾ ਨਤੀਜਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਨਾਭਾ ਦੇ ਇਸ ਸਕੂਲ ਦੀ ਵਿਰਾਸਤੀ ਇਮਾਰਤ ਨੂੰ ਹੋਰ ਖ਼ੂਬਸੂਰਤ ਬਣਾਉਣ ਤੇ ਸਕੂਲ ਦੀ ਤਰੱਕੀ ਲਈ ਉਹ ਆਪਣਾ ਵੱਧ ਤੋਂ ਵੱਧ ਯੋਗਦਾਨ ਪਾਉਣਗੇ। ਸਕੂਲ ਆਫ਼ ਐਮੀਨੈਂਸ ਨਾਭਾ ਦੇ ਪ੍ਰਿੰਸੀਪਲ ਰਮਨਦੀਪ ਮਦਾਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਨੇ ਸ੍ਰੀ ਰਾਮਵੀਰ ਨੂੰ ਉਨ੍ਹਾਂ ਦੇ ਵਿਦਿਆਰਥੀਆਂ ਦੇ ਮਾਰਗ ਦਰਸ਼ਨ ਲਈ ਤਾਇਨਾਤ ਕੀਤਾ ਹੈ। ਇਸ ਮੌਕੇ ਐਸ.ਡੀ.ਐਮ. ਨਾਭਾ ਡਾ. ਇਸਮਤ ਵਿਜੇ ਸਿੰਘ, ਸਕੂਲ ਦੇ ਅਧਿਆਪਕ ਤੇ ਵਿਦਿਆਰਥੀ ਮੌਜੂਦ ਸਨ।



## ਅਨਿੰਦਿਤਾ ਮਿੱਤਰਾ ਵੱਲੋਂ ਓਪਨ ਯੂਨੀਵਰਸਿਟੀ ਦੇ ਸੈਸ਼ਨ 2025-26 ਲਈ ਪ੍ਰਾਸਪੈਕਟਸ ਜਾਰੀ

ਪਟਿਆਲਾ, 24 ਮਈ (ਚ.ਨ.ਸ.) : ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਅਤੇ ਉਚੇਰੀ ਸਿੱਖਿਆ ਵਿਭਾਗ ਦੇ ਸਕੱਤਰ ਅਨਿੰਦਿਤਾ ਮਿੱਤਰਾ ਵੱਲੋਂ ਅਕਾਦਮਿਕ ਸੈਸ਼ਨ 2025-26 ਲਈ ਯੂਨੀਵਰਸਿਟੀ ਪ੍ਰੋਸਪੈਕਟਸ ਅੱਜ ਇੱਥੇ ਯੂਨੀਵਰਸਿਟੀ ਵਿਖੇ ਜਾਰੀ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਰਜਿਸਟਰਾਰ ਪ੍ਰੋ. ਬਲਜੀਤ ਸਿੰਘ ਖਹਿਰਾ, ਡੀਨ ਰਿਸਰਚ ਡਾ. ਨਵਲੀਨ ਮੁਲਤਾਨੀ, ਪੀਐਸਓਯੂ ਸਕੂਲਾਂ ਦੇ ਮੁਖੀ, ਫੈਕਲਟੀ ਮੈਂਬਰ ਅਤੇ ਹੋਰ ਅਧਿਕਾਰੀ ਮੌਜੂਦ ਸਨ।ਅਨਿੰਦਿਤਾ ਮਿੱਤਰਾ ਨੇ ਦੱਸਿਆ ਕਿ ਨਵੇਂ ਜਾਰੀ ਕੀਤੇ ਗਏ ਪ੍ਰੋਸਪੈਕਟਸ ਵਿੱਚ ਵਿਦਿਆਰਥੀਆਂ ਲਈ ਤਕਨੀਕੀ ਅਤੇ ਅਕਾਦਮਿਕ ਕੋਰਸਾਂ ਬਾਰੇ ਵਿਸਥਾਰਪੂਰਕ ਜਾਣਕਾਰੀ ਦਿੱਤੀ ਗਈ ਹੈ। ਇਸ ਵਿੱਚ ਪੋਸਟ-ਗ੍ਰੈਜੂਏਟ ਪ੍ਰੋਗਰਾਮ ਐਮ.ਐਸ ਸੀ ਕੰਪਿਊਟਰ ਸਾਇੰਸ, ਐਮ ਕਾਮ, ਐਮਏ ਅੰਗਰੇਜ਼ੀ, ਪੰਜਾਬੀ, ਇਕਨੌਮਿਕਸ, ਅੰਡਰ-ਗਰੈਜੂਏਟ ਪ੍ਰੋਗਰਾਮ ਬੀ ਏ, ਬੀਕਾਮ, ਬੀਸੀਏ ਅਤੇ ਸਰਟੀਫਿਕੇਟ ਅਤੇ ਡਿਪਲੋਮਾ ਕੋਰਸਾਂ ਦੀ ਵੀ ਜਾਣਕਾਰੀ ਹੈ।ਅਨਿੰਦਿਤਾ ਮਿੱਤਰਾ ਨੇ ਦੱਸਿਆ ਕਿ ਇਹ ਪ੍ਰੋਸਪੈਕਟਸ ਵਿਦਿਆਰਥੀਆਂ ਲਈ ਮਦਦਗਾਰ ਹੋਵੇਗਾ ਕਿਉਂਕਿ ਇਸ ਵਿੱਚ ਕੋਰਸਾਂ, ਸਕਾਲਰਸ਼ਿਪਾਂ ਅਤੇ ਦਾਖਲਾ ਪ੍ਰਕਿਰਿਆ ਸੰਬੰਧੀ ਸਮੂਹ ਜਾਣਕਾਰੀ ਉਪਲਬਧ ਕਰਵਾਈ ਗਈ ਹੈ। ਵਿਦਿਆਰਥੀਆਂ ਦੀ ਸਹੂਲਤ ਲਈ ਆਨਲਾਈਨ ਅਰਜ਼ੀ ਪ੍ਰਕਿਰਿਆ ਵੀ ਆਸਾਨ ਬਣਾਈ ਗਈ ਹੈ ਯੂਨੀਵਰਸਿਟੀ ਦਾ ਪ੍ਰੋਸਪੈਕਟਸ ਯੂਨੀਵਰਸਿਟੀ ਦੀ ਵੈਬਸਾਈਟ ਪੀਐਸਓਯੂ ਡਾਟ ਏ ਸੀ ਡਾਟ ਇਨ www.psou.ac.in ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ ਜਾਂ ਯੂਨੀਵਰਸਿਟੀ ਦੇ ਦਫ਼ਤਰ ਤੋਂ ਹਾਸਲ ਕੀਤਾ ਜਾ ਸਕਦਾ ਹੈ। ਪ੍ਰਾਸਪੈਕਟਸ ਯੂਨੀਵਰਸਿਟੀ ਦੇ ਪਬਲੀਕੇਸ਼ਨ ਬਿਊਰੋ ਦੁਆਰਾ ਪ੍ਰਕਾਸ਼ਿਤ ਕੀਤਾ ਗਿਆ ਹੈ।



## ਖ਼ੂਨਦਾਨੀ ਪ੍ਰਮਾਤਮਾ ਵੱਲੋਂ ਭੇਜੇ ਦੂਤਾਂ ਸਮਾਨ: ਭਲਵਾਨ, ਰੰਧਾਵਾ

ਪਟਿਆਲਾ, 24 ਮਈ (ਚ.ਨ.ਸ.) : ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੂਵਕ ਸੇਵਾਵਾਂ ਕਲੱਬ ਦੀਪ ਨਗਰ ਵਲੋਂ ਬਲੱਡ ਬੈਂਕਾਂ ਵਿਚ ਖ਼ੂਨਦਾਨ ਦੀ ਕਮੀ ਨੂੰ ਵੇਖਦਿਆਂ ਅਤੇ ਸਵਰਗੀ ਰਣਬੀਰ ਹੈਪੀ ਅਤੇ ਮੱਖਣ ਰੋਗਲਾ ਦੀ ਯਾਦ ਵਿੱਚ ਲੜੀਵਾਰ ਖ਼ੂਨਦਾਨ ਕੈਂਪ ਲਾਇਫ ਲਾਇਨ ਬਲੱਡ ਬੈਂਕ ਵਿਖੇ ਆਯੋਜਨ ਕੀਤਾ ਗਿਆ ,ਜਿਸ ਵਿੱਚ ਮੁੱਖ ਮਹਿਮਾਨ ਸਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੋਸਲਿੰਗ ਸੈਲ ਪਟਿਆਲਾ ਨੇ ਸ਼ਿਰਕਤ ਕੀਤੀ, ਪ੍ਰੋਗਰਾਮ ਦਾ ਉਦਘਾਟਨ ਏ ਐਸ ਆਈ ਅਮਰਜੀਤ ਸਿੰਘ ਰੰਧਾਵਾ ਰੀਡਰ ਡਿਪਟੀ ਸੁਪਰਡੈਂਟ ਪੀ .ਬੀ .ਆਈ .ਕ੍ਰਾਈਮ ਵਿਰੁੱਧ ਔਰਤਾਂ ਅਤੇ ਬੱਚਿਆਂ ਨੇ ਖੁਦ ਖ਼ੂਨਦਾਨ ਕਰਕੇ ਕੀਤਾ,ਇਸ ਮੌਕੇ ਐਸ ਆਈ ਭਗਵਾਨ ਸਿੰਘ ਲਾਡੀ ਪਹੇੜੀ ਇੰਚਾਰਜ ਸਿਟੀ-2 ਟ੍ਰੈਫਿਕ ਪਟਿਆਲਾ ਵਲੋਂ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ, ਵਿਸ਼ੇਸ਼ ਤੌਰ 'ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਏ ਐਸ ਆਈ ਨੇਤਰ ਸਿੰਘ,ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ, ਅਮਰਜੀਤ ਸਿੰਘ ਲੰਗ ਨੇ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਸੰਬੋਧਨ ਕਰਦਿਆ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਅਮਰਜੀਤ ਰੰਧਾਵਾ, ਲਾਡੀ ਪਹੇੜੀ ਨੇ ਕਿਹਾ ਕਿ ਨੌਜਵਾਨਾਂ ਵਲੋਂ ਖ਼ੂਨਦਾਨ ਅਤੇ ਪਲੇਟਲੈਟ ਦਾਨ ਕਰਕੇ ਲੋੜਵੰਦ ਮਰੀਜ਼ ਦੀ ਜਾਨ ਬਚਾਈ ਜਾ ਸਕਦੀ ਹੈ। ਉਹਨਾਂ ਕਿਹਾ ਕਿ ਖ਼ੂਨਦਾਨੀ ਪ੍ਰਮਾਤਮਾ ਵਲੋਂ ਭੇਜੇ ਦੂਤਾਂ ਸਮਾਨ ਹੁੰਦੇ ਹਨ ਜਿਹੜੇ ਆਪਣਾ ਖ਼ੂਨਦਾਨ ਕਰਕੇ ਕਿਸੇ ਦੀ ਬੇਸ਼ਕੀਮਤੀ ਜਾਨਾਂ ਬਚਾਉਣ ਲਈ ਅੱਗੇ ਆਉਂਦੇ ਹਨ,ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹੋ ਵੱਧ ਤੋਂ ਵੱਧ ਖ਼ੂਨਦਾਨ ਕਰਕੇ ਬੇਸ਼ਕੀਮਤੀ ਜਾਨਾਂ ਬਚਾਉਣ ਲਈ ਅੱਗੇ ਆਉਣ। ਇਸ ਮੌਕੇ ਲਾਇਫ ਲਾਇਨ ਬਲੱਡ ਬੈਂਕ ਵਲੋਂ ਡਾ. ਅਰਸ਼ਪ੍ਰੀਤ ਕੌਰ ਅਤੇ ਮੋਟੀਵੇਟਰ ਸਾਗਰ ਅਰੋੜਾ ਵਲੋ ਬਲੱਡ ਇੱਕਤਰ ਕੀਤਾ ਗਿਆ ।



## ਪੁਲਿਸ ਵੱਲੋਂ 252 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 24 ਮਈ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਬਾਦਲ ਕੁਮਾਰ ਵਾਸੀ ਗਲੀ ਨੰ. 02 ਜਗਤਾਰ ਨਗਰ ਥਾਣਾ ਅਰਬਨ ਅਸਟੇਟ ਪਟਿਆਲਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਗੁਰਦੀਪ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਕਿਲਾ ਚੋਕ ਪਟਿਆਲਾ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਚੈਕ ਕਰਨ ਪਰ 252 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।

## ਔਰਤ ਨਾਲ ਬਦਤਮੀਜੀ ਤੇ ਲੇਬਰ ਨਾਲ ਕੁੱਟਮਾਰ ਦੇ ਦੋਸ਼ 'ਚ 6 ਵਿਰੁੱਧ ਮਾਮਲਾ ਦਰਜ

ਸਮਾਣਾ, 24 ਮਈ (ਵਿਜੇ ਕੁਮਾਰ) : ਪਰਿਵਾਰਕ ਜ਼ਮੀਨੀ ਵਿਵਾਦ ਦੇ ਚਲਦਿਆਂ ਘਰ ਦੇ ਸਾਹਮਣੇ ਦੀਵਾਰ ਕੱਢਵਾ ਰਹੀ ਔਰਤ ਅਤੇ ਲੇਬਰ ਦੀ ਕੁੱਟਮਾਰ ਅਤੇ ਉਸ ਦੀ ਇਜ਼ਤ 'ਤੇ ਹੱਥ ਪਾਉਣ ਦੇ ਇਕ ਮਾਮਲੇ 'ਚ ਸਦਰ ਪੁਲਿਸ ਨੇ ਵੱਖ-ਵੱਖ ਧਰਾਵਾਂ ਤਹਿਤ ਔਰਤ ਦੇ ਪਰਿਵਾਰਕ ਰਿਸ਼ਤੇਦਾਰਾਂ ਸਣੇ 6 ਲੋਕਾਂ 'ਤੇ ਮਾਮਲਾ ਦਰਜ ਕੀਤਾ ਹੈ। ਮੁਲਜ਼ਮਾਂ 'ਚ ਹਰਬੰਸ ਸਿੰਘ ਉਸ ਦੀ ਪਤਨੀ ਸਿੰਦਰਪਾਲ ਕੌਰ, ਪੁੱਤਰ ਮਨਪ੍ਰੀਤ ਸਿੰਘ ਅਤੇ ਸੁਖਵਿੰਦਰ ਸਿੰਘ ਅਤੇ ਉਸਦਾ ਪੁੱਤਰ ਅਮਨਦੀਪ ਸਿੰਘ ਅਤੇ ਚਿੜੀ ਬਾਬਾ ਸਾਰੇ ਨਿਵਾਸੀ ਪਿੰਡ ਕਕਰਾਲਾ ਭਾਈਕਾ ਸ਼ਾਮਲ ਹਨ। ਸਬੰਧਤ ਪੁਲਸ ਚੌਂਕੀ ਮਵੀਕਲਾਂ ਪੁਲਸ ਮੁਖੀ ਬਲਕਾਰ ਸਿੰਘ ਨੇ ਦੱਸਿਆ ਕਿ ਪ੍ਰਿਤਪਾਲ ਕੌਰ ਨਿਵਾਸੀ ਪਿੰਡ ਕਕਰਾਲਾ ਭਾਈਕਾ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਮੁਲਜ਼ਮਾਂ ਦੇ ਨਾਲ ਉਸ ਦਾ ਜ਼ਮੀਨੀ ਵਿਵਾਦ ਹੈ। 4 ਮਈ ਨੂੰ ਉਹ ਆਪਣੇ ਮਕਾਨ ਦੇ ਸਾਹਮਣੇ ਦੀਵਾਰ ਕੱਢਵਾ ਰਹੀ ਸੀ, ਕਿ ਮੁਲਜ਼ਮਾ ਨੇ ਉਸ ਦੇ ਮਿਸਤਰੀ ਅਤੇ ਮਜ਼ਦੂਰਾਂ ਨੂੰ ਡੰਡੇ ਮਾਰ ਕੇ ਕੰਮ ਬੰਦ ਕਰਵਾ ਦਿੱਤਾ, ਜਦੋਂਕਿ ਹਰਬੰਸ ਸਿੰਘ ਨੇ ਉਸ ਦੀ ਬਾਂਹ ਫੜ ਕੇ ਕਥਿਤ ਤੌਰ 'ਤੇ ਬੇਇੱਜ਼ਤ ਕੀਤਾ ਅਤੇ ਕੁੱਟਮਾਰ ਕਰਕੇ ਫਰਾਰ ਹੋ ਗਏ। ਅਧਿਕਾਰੀ ਅਨੁਸਾਰ ਪੁਲਿਸ ਮਾਮਲੇ ਦੀ ਜਾਂਚ ਅਤੇ ਮੁਲਜ਼ਮਾਂ ਦੀ ਭਾਲ ਕਰ ਰਹੀ ਹੈ।

## ਮੈਡੀਕਲ ਚੈਕਅੱਪ ਕੈਂਪ ਅੱਜ

ਮਲੇਰਕੋਟਲਾ, 24 ਮਈ (ਚ.ਨ.ਸ.) : ਭਲਕੇ ਮੁਫ਼ਤ ਮੈਗਾ ਮੈਡੀਕਲ ਚੈਂਕਅਪ ਕੈਂਪ ਮਾਲੇਰਕੋਟਲਾ ਕਲੱਬ ਵਿਖੇ ਮੈਕਸ਼ ਪ੍ਰੋਲਾਈਫ ਹਸਪਤਾਲ ਦੇ ਸਹਿਯੋਗ ਨਾਲ 25 ਮਈ ਨੂੰ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦਾ ਉਦੇਸ਼ ਜ਼ਿਲ੍ਹਾ ਨਿਵਾਸੀਆਂ ਦੀ ਸਿਹਤ ਦੀ ਜਾਂਚ ਕਰਨਾ ਅਤੇ ਲੋੜਵੰਦ ਵਿਅਕਤੀਆਂ ਦਾ ਮੁਫ਼ਤ ਇਲਾਜ ਕਰਨ ਹੈ। ਇਸ ਕੈਂਪ ਵਿੱਚ ਮੈਕਸ਼ ਪ੍ਰੋਲਾਈਫ ਹਸਪਤਾਲ ਦੇ ਮਾਹਿਰ ਡਾਕਟਰ ਵਰੁਣ ਮਿੱਤਲ ਗੁਰਦੇ ਅਤੇ ਪਿੱਤੇ, ਡਾ ਮੁਨਿਸ ਗੋਇਲ ਹੱਡੀਆਂ, ਡਾ.ਸੁਖਪ੍ਰੀਤ ਸਿੰਘ ਬੀ.ਪੀ. ਸੂਗਰ,ਥਾਈਰਾਇਡ, ਦਮਾ, ਪੀਲੀਆ ਅਤੇ ਅਧਰੰਗ, ਡਾ ਮਨੀਸ਼ਾ ਬੱਧਨ ਔਰਤਾਂ ਦੇ ਮਾਹਿਰ ਅਤੇ ਡਾ ਕਿਰਨਜੋਤ ਕੌਰ ਬੱਚਿਆਂ ਦੇ ਮਾਹਿਰ ਡਾਕਟਰ ਉਚੇਚੇ ਤੌਰ 'ਤੇ ਪੁੱਜ ਰਹੇ ਹਨ । ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਸੰਖਿਆ ਵਿੱਚ ਆ ਕੇ ਇਸ ਕੈਂਪ ਦਾ ਲਾਹਾ ਲੈਣ ।

## 'ਸ਼ਫ਼ਰ-ਏ-ਫ਼ਖ਼ਰ' ਦੀ ਲੜੀ ਤਹਿਤ ਮਹਿੰਦਰਾ ਕਾਲਜ 'ਚ ਕਵੀ ਦਰਬਾਰ ਕਰਵਾਇਆ

ਪਟਿਆਲਾ, 24 ਮਈ (ਰੁਪਾਣਾ) : ਅੱਜ '150 ਸਾਲਾ ਸਫ਼ਰ-ਏ-ਫ਼ਖ਼ਰ' ਦੀ ਲੜੀ ਤਹਿਤ ਮਹਿੰਦਰਾ ਕਾਲਜ, ਪਟਿਆਲਾ ਵਿਖੇ ਭਾਸ਼ਾ ਵਿਭਾਗ, ਪੰਜਾਬ ਅਤੇ ਪਾਲ ਭਾਟੀਆ, ਕੈਨੇਡਾ ਦੇ ਸਹਿਯੋਗ ਨਾਲ ਕਵੀ ਦਰਬਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਪ੍ਰੋ. (ਡਾ.) ਮਨਿੰਦਰ ਸਿੱਧੂ ਦੀ ਅਗਵਾਈ ਵਿਚ ਕਰਵਾਏ ਗਏ ਇਸ ਕਵੀ ਦਰਬਾਰ ਵਿਚ ਪੰਜਾਬੀ ਦੇ ਪ੍ਰਸਿੱਧ ਕਵੀ ਗੁਰਤੇਜ ਕੋਹਾਰਵਾਲਾ, ਵਿਜੇ ਵਿਵੇਕ, ਦਰਸ਼ਨ ਬੁੱਟਰ, ਬਲਵਿੰਦਰ ਸੰਧੂ, ਸਰਬਜੀਤ ਜੱਸ ਤੇ ਅਜੀਤਪਾਲ ਜਟਾਣਾ ਨੇ ਸ਼ਿਰਕਤ ਕੀਤੀ। ਪ੍ਰਿੰਸੀਪਲ ਡਾ. ਮਨਿੰਦਰ ਕੌਰ ਸਿੱਧੂ ਨੇ ਆਏ ਹੋਏ ਮਹਿਮਾਨਾਂ ਤੇ ਦਰਸ਼ਕਾਂ ਲਈ ਸਵਾਗਤੀ ਸ਼ਬਦ ਕਹਿੰਦਿਆਂ ਕਵਿਤਾ ਦੀ ਅਹਿਮੀਅਤ ਉਤੇ ਚਰਚਾ ਕੀਤੀ। ਸਮਾਗਮ ਦੀ ਸ਼ੁਰੂਆਤ ਹਾਲ ਹੀ ਵਿੱਚ ਵਿਛੜੇ ਲਹਿੰਦੇ ਪੰਜਾਬ ਦੇ ਕਵੀ ਤਜੱਮਲ ਕਲੀਮ ਅਤੇ ਚੜ੍ਹਦੇ ਪੰਜਾਬ ਦੇ ਚਿੰਤਕ ਡਾ. ਰਤਨ ਸਿੰਘ ਜੱਗੀ ਨੂੰ ਨਮਨ ਕਰਦਿਆਂ ਕੀਤੀ ਗਈ। 'ਕਾਵਿ-ਉਚਾਰਨ' ਦਾ ਮੁੱਢ ਬੰਨ੍ਹਦਿਆਂ ਸਰਬਜੀਤ ਕੌਰ ਜੱਸ ਨੇ ਔਰਤ ਸੰਬੰਧੀ ਸਮਾਜਿਕ ਪ੍ਰਤਿਮਾਨਾਂ, ਕਿਸਾਨੀ ਜਮਾਤ ਦੇ ਪਰਵਾਸ, ਲਹਿੰਦੇ ਪੰਜਾਬ ਨਾਲ ਜੁੜੇ ਸਭਿਆਚਾਰਕ ਅਵਚੇਤਨ ਤੇ ਨਸ਼ਿਆਂ ਗ੍ਰਸਤ ਨੌਜਵਾਨੀ ਨੂੰ ਸੰਬੋਧਿਤ ਹੁੰਦੀ ਕਵਿਤਾ ਪੜ੍ਹੀ। ਅਜੀਤਪਾਲ ਜਟਾਣਾ ਦੀ ਕਵਿਤਾ ਨੇ ਮੰਜ਼ਿਲ ਦੇ ਮੁਕਾਬਲੇ ਰਾਹ/ਰਸਤੇ ਅਤੇ ਨਾਉਮੀਦੀ/ਨਿਰਾਸ਼ਾ ਦੀ ਥਾਂ ਉਮੀਦ/ਆਸ ਨੂੰ ਦਰਸਾਇਆ। ਬਲਵਿੰਦਰ ਸੰਧੂ ਦੀ ਕਵਿਤਾ ਆਪਣੀ ਲੈਅਾਤਮਕਤਾ ਸਹਿਤ ਆਦਮ ਤੇ ਹਵਾ ਦੇ ਰੂਪਕਾਂ ਦੁਆਰਾ ਧਰਤੀ ਉੱਤੇ ਰੁੱਖਾਂ ਰੂਪੀ ਗਹਿਣਿਆਂ ਦੀ ਮੰਗ ਕਰਦੀ ਹੈ। ਫਿਰ ਦਰਸ਼ਨ ਬੁੱਟਰ ਦੀ ਕਵਿਤਾ ਮਨੁੱਖ ਅੰਦਰਲੇ ਭਰੱਪਣ ਤੇ ਖਾਲੀਪਣ ਦੀ ਬਾਤ ਪਾਉਂਦੀ,ਪਤਨੀ ਰੂਪੀ ਸਾਥੀ ਦੀ ਜ਼ਿੰਦਗੀ 'ਚ ਹੋਂਦ ਤੇ ਅਣਹੋਂਦ ਕਰਕੇ ਹੋਣ ਵਾਲੀ ਉਥਲ-ਪੁਥਲ ਨਾਲ ਵਾਬਸਤਗੀ ਜਤਾਉਂਦੀ ਹੈ। ਗੁਰਤੇਜ ਕੋਹਾਰਵਾਲਾ ਦੀ ਕਵਿਤਾ ਕਹੇ ਪਿੱਛੇ ਅਣਕਹੇ ਅਤੇ ਕੱਥ ਦੀ ਥਾਂ ਅਕੱਥ ਨੂੰ ਆਪਣਾ ਮਰਕਜ਼ ਬਣਾਉਂਦੀ ਹੈ। ਕਾਲਜ ਦੇ ਅਧਿਆਪਕ ਪ੍ਰੋ. ਸੁਖਵਿੰਦਰ ਸਿੰਘ ਸੁੱਖੀ ਨੇ ਵੀ ਇਸ ਮੌਕੇ ਮਹਿੰਦਰਾ ਕਾਲਜ ਦੇ ਇਤਿਹਾਸਕ ਪਿਛੋਕੜ ਤੇ ਇਸਦੀ ਵਿੱਦਿਅਕ ਖੇਤਰ 'ਚ ਦਾਤ ਨੂੰ ਦਰਸਾਉਂਦੀ ਕਵਿਤਾ ਪੜ੍ਹੀ। ਪ੍ਰੋ. ਸ਼ਵਿੰਦਰ ਸਿੰਘ ਰੇਖੀ ਨੇ ਕਵੀਆਂ ਦੇ 'ਨਿੱਜ' ਦੇ ਨਾਲ-ਨਾਲ 'ਪਰ' ਪ੍ਰਤੀ ਸੰਵੇਦਨਸ਼ੀਲ ਹੋਣ ਦੀ ਗੱਲ ਕਰਦਿਆਂ ਹਾਜ਼ਰ ਸ਼ਖ਼ਸੀਅਤਾਂ ਲਈ ਧੰਨਵਾਦ ਮਤਾ ਪੇਸ਼ ਕੀਤਾ। ਕਵੀ ਦਰਬਾਰ ਵਿੱਚ ਮੰਚ ਸੰਚਾਲਨ ਪੰਜਾਬੀ ਵਿਭਾਗ ਦੇ ਸ.ਪ੍ਰੋ. ਸੁਖਚੈਨ ਸਿੰਘ ਨੇ ਕੀਤਾ। ਪ੍ਰੋਗਰਾਮ ਵਿਚ ਖ਼ਾਲਸਾ ਕਾਲਜ, ਮੁਲਤਾਨੀ ਮੱਲ ਮੋਦੀ ਕਾਲਜ, ਬਿਕਰਮ ਕਾਲਜ ਆਫ਼ ਕਾਮਰਸ ਅਤੇ ਸਰਕਾਰੀ ਕਾਲਜ ਲੜਕੀਆਂ ਦੇ ਪੰਜਾਬੀ ਵਿਭਾਗ ਦੇ ਅਧਿਆਪਕ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨ ਲਈ ਪਹੁੰਚੇ।





# ਪਟਿਆਲਾ-ਆਸ/ਪਾਸ



## ਭਾਖੜਾ ਵਿੱਚ ਆਈ ਲੀਕੇਜ ਕਾਬੂ 'ਚ

## ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਜਾਨਮਾਲ ਦੀ ਸੁਰੱਖਿਆ ਲਈ ਵਚਨਬੱਧ: ਸਿਹਤ ਮੰਤਰੀ

### ਲੀਕੇਜ ਦਾ ਮੁੱਖ ਕਾਰਨ ਨਹਿਰ ਦੇ ਕੰਢਿਆਂ 'ਤੇ ਪਾਇਆ ਜਾਣ ਵਾਲਾ ਸਤਨਾਜਾ ਤੇ ਚਾਵਲ



ਪਟਿਆਲਾ, 24 ਮਈ (ਚ.ਨ.ਸ.) : ਪਸਿਆਣਾ ਵਿਖੇ ਭਾਖੜਾ ਨਹਿਰ ਵਿੱਚ ਆਈ ਅਚਾਨਕ ਲੀਕੇਜ ਦੀ ਸੂਚਨਾ ਮਿਲਦਿਆਂ ਹੀ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਨੇ ਫੌਰੀ ਤੌਰ 'ਤੇ ਸਾਈਟ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਉਹਨਾਂ ਲੀਕੇਜ ਵਾਲੀ ਥਾਂ 'ਤੇ ਚੱਲ ਰਹੇ ਰੀਪੇਅਰ ਕਾਰਜਾਂ ਦੀ ਨਿਗਰਾਨੀ ਕੀਤੀ ਅਤੇ ਤਕਨੀਕੀ ਅਧਿਕਾਰੀਆਂ ਤੋਂ ਪੂਰੀ ਜਾਣਕਾਰੀ ਲਈ। ਉਹਨਾਂ ਕਿਹਾ ਕਿ ਜਿਵੇਂ ਹੀ ਲੀਕੇਜ ਦੀ ਸੂਚਨਾ ਮਿਲੀ ਜ਼ਿਲ੍ਹਾ ਪ੍ਰਸ਼ਾਸਨ, ਜਲ ਸਪਲਾਈ ਵਿਭਾਗ ਅਤੇ ਭਾਖੜਾ ਪ੍ਰਬੰਧਨ ਨੇ ਫੁਰਤੀ ਦਿਖਾਈ ਅਤੇ ਤੁਰੰਤ ਕਾਰਵਾਈ ਕਰਕੇ ਲੀਕੇਜ ਨੂੰ ਰੋਕ ਕੇ ਵੱਡਾ ਨੁਕਸਾਨ ਹੋਣ ਤੋਂ ਰੋਕ ਲਿਆ। ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਜਾਨਮਾਲ ਦੀ ਸੁਰੱਖਿਆ ਲਈ ਵਚਨਬੱਧ ਹੈ। ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੇ ਕਿਹਾ ਕਿ ਲੀਕੇਜ ਦਾ ਮੁੱਖ ਕਾਰਨ ਚੂਹਿਆਂ ਵੱਲੋਂ ਨਹਿਰ ਦੇ ਕੰਢਿਆਂ 'ਤੇ ਖੁੱਡਾਂ ਵਿੱਚ ਪਾਇਆ ਜਾਣ ਵਾਲਾ ਸਤਨਾਜਾ ਅਤੇ ਚਾਵਲ ਹੈ। ਉਹਨਾਂ ਕਿਹਾ ਕਿ ਚੂਹੇ ਇਹ ਅਨਾਜ ਇਕੱਠਾ ਕਰਦੇ ਹਨ, ਜਿਸ ਨਾਲ ਨਾ ਕੇਵਲ ਨਹਿਰ ਦੀਆਂ ਕੰਧਾਂ ਨੂੰ ਨੁਕਸਾਨ ਪਹੁੰਚਦਾ ਹੈ ਬਲਕਿ ਅੰਦਰੋਂ ਕੰਧ ਖੋਖਲੀ ਹੋ ਜਾਂਦੀ ਹੈ, ਜਿਸ ਕਾਰਨ ਪਾਣੀ ਲੀਕ ਹੋਣ ਦਾ ਖਤਰਾ ਵੱਧ ਜਾਂਦਾ ਹੈ। ਸਿਹਤ ਮੰਤਰੀ ਡਾ ਬਲਬੀਰ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਹਿਰ ਦੇ ਕੰਢਿਆਂ 'ਤੇ ਸਤਨਾਜਾ ਜਾਂ ਚਾਵਲ ਨਾ ਪਾਇਆ ਜਾਵੇ, ਕਿਉਂਕਿ ਇਹ ਚੂਹਿਆਂ ਨੂੰ ਆਕਰਸ਼ਿਤ ਕਰਦਾ ਹੈ ਅਤੇ ਪਲੇਗ ਵਰਗੀਆਂ ਘਾਤਕ ਬਿਮਾਰੀਆਂ ਫੈਲਣ ਦਾ ਖ਼ਤਰਾ ਬਣ ਜਾਂਦਾ ਹੈ। ਉਹਨਾਂ ਸੁਨਿਸ਼ਚਿਤ ਕੀਤਾ ਕਿ ਭਵਿੱਖ ਵਿੱਚ ਅਜਿਹੀ ਘਟਨਾਂ ਨਾਂ ਵਾਪਰੇ। ਇਸ ਲਈ ਤਕਨੀਕੀ ਜਾਂਚ, ਮੁਰੰਮਤ ਅਤੇ ਨਿਰੰਤਰ ਨਿਗਰਾਨੀ ਲਈ ਵਿਸ਼ੇਸ਼ ਯੋਜਨਾ ਤਿਆਰ ਕੀਤੀ ਜਾ ਰਹੀ ਹੈ। ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਸ਼ਾਮਲ ਸਨ।

## ਟਿੱਪਰ-ਇਨੋਵਾ ਹਾਦਸੇ ਦਾ ਮੁੱਖ ਦੋਸ਼ੀ ਟਿੱਪਰ ਮਾਲਕ ਹਿਰਾਸਤ 'ਚ, ਦੂਜਾ ਅਜੇ ਵੀ ਫ਼ਰਾਰ

### ਮੁਲਜ਼ਮਾਂ ਨੂੰ ਪਨਾਹ ਦੇਣ ਦੇ ਮਾਮਲੇ 'ਚ ਚਾਰ ਰਿਸ਼ਤੇਦਾਰ ਹਿਰਾਸਤ 'ਚ

ਸਮਾਣਾ, 24 ਮਈ (ਵਿਜੇ ਕੁਮਾਰ) : 7 ਮਈ ਨੂੰ ਟਿੱਪਰ-ਇਨੋਵਾ ਹਾਦਸੇ 'ਚ ਮਾਰੇ ਗਏ ਇਨੋਵਾ ਚਾਲਕ ਅਤੇ 7 ਮਾਸੂਮ ਬੱਚਿਆਂ ਦੀ ਮੌਤ ਦੇ ਮਾਮਲੇ 'ਚ ਮੀਡੀਆ ਵੱਲੋਂ ਟਿੱਪਰ ਮਾਲਕਾਂ ਨੂੰ ਗ੍ਰਿਫਤਾਰ ਨਾ ਕੀਤੇ ਜਾਣ ਦੇ ਚੁੱਕੇ ਮੁੱਦੇ ਅਤੇ ਪੀੜਿਤ ਪਰਿਵਾਰਕ ਮੈਂਬਰਾਂ ਵੱਲੋਂ ਡੀ.ਐਸ.ਪੀ. ਸਮਾਣਾ ਮੂਹਰੇ ਬੀਤੇ ਦਿਨੀ ਜਿਤਾਏ ਗਏ ਰੋਸ ਅਤੇ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਸਮਾਣਾ ਬੰਦ ਸਣੇ ਤਿਖੇ ਸੰਘਰਸ ਦੀ ਚਿਤਾਵਨੀ ਤੋਂ ਬਾਅਦ ਸਦਰ ਪੁਲਸ ਸਮਾਣਾ ਵੱਲੋਂ 17 ਦਿਨ ਬਾਅਦ ਇਕ ਮੁਲਜ਼ਮ ਟਿੱਪਰ ਮਾਲਕ ਦਵਿੰਦਰ ਸਿੰਘ ਨਿਵਾਸੀ ਪਿੰਡ ਸੌਜਾ (ਪਟਿਆਲਾ) ਨੂੰ ਹਿਰਾਸਤ ਵਿਚ ਲੈ ਲਿਆ, ਜਦੋਂ ਕਿ ਦੂਜਾ ਮੁਲਜ਼ਮ ਮਾਲਕ ਰਣਧੀਰ ਸਿੰਘ ਅਜੇ ਵੀ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ ਹੈ। ਇਸ ਸੰਬਧੀ ਸਦਰ ਪੁਲਸ ਮੁੱਖੀ ਬਿਕਰਮਜੀਤ ਸਿੰਘ ਅਤੇ ਮਾਮਲੇ ਦੇ ਜਾਂਚ ਅਧਿਕਾਰੀ ਏ.ਐਸ.ਆਈ. ਗੁਰਦੇਵ ਸਿੰਘ ਨੇ ਦੱਸਿਆ ਕਿ ਮਾਮਲੇ ਦਾ ਮੁੱਖ ਮੁਲਜ਼ਮ ਟਿੱਪਰ ਚਾਲਕ ਭੁਪਿੰਦਰ ਸਿੰਘ ਨੂੰ ਉਸੇ ਦਿਨ ਹਿਰਾਸਤ ਵਿਚ ਲੈ ਕੇ ਜੇਲ ਭੇਜ ਦਿੱਤਾ ਗਿਆ ਸੀ।



ਜਦੋਂ ਕਿ ਟਿੱਪਰ ਮਾਲਕ ਦਵਿੰਦਰ ਸਿੰਘ ਨੂੰ ਪੁਲਸ ਨੇ ਹੁਣ ਕਾਬੂ ਕਰ ਲਿਆ। ਜਿਸ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ ਦੋ ਦਿਨ ਦਾ ਰਿਮਾਂਡ ਹਾਸਲ ਕਰਕੇ ਪੁਲਸ ਵੱਲੋਂ ਪੁੱਛਗਿੱਛ ਸ਼ੁਰੂ ਕਰ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਫਰਾਰ ਟਿੱਪਰ ਮਾਲਕਾਂ ਨੂੰ ਪਨਾਹ ਦੇਣ ਦੇ ਦੋਸ਼ 'ਚ ਪੁਲਿਸ ਉਨ੍ਹਾਂ ਦੇ ਚਾਰ ਰਿਸ਼ਤੇਦਾਰਾਂ ਨੂੰ ਪਹਿਲਾ ਹੀ ਗ੍ਰਿਫਤਾਰ ਕਰ ਚੁੱਕੀ ਹੈ। ਪਰ ਇਕ ਹੋਰ ਟਿੱਪਰ ਮਾਲਕ ਰਣਧੀਰ ਸਿੰਘ ਅਜੇ ਵੀ ਫਰਾਰ ਹੈ। ਉਸ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।

## ਜਲ ਸਰੋਤ ਮੰਤਰੀ ਵੱਲੋਂ ਸਿੰਚਾਈ ਵਿਭਾਗ ਨੂੰ ਸੂਬੇ ਦੀਆਂ ਸਾਰੀਆਂ ਨਹਿਰਾਂ ਦੀ ਜ਼ਮੀਨੀ ਪੱਧਰ 'ਤੇ ਚੈਕਿੰਗ ਕਰਨ ਦੇ ਨਿਰਦੇਸ਼

### ਬਰਿੰਦਰ ਗੋਇਲ ਵੱਲੋਂ ਭਾਖੜਾ ਮੇਨ ਲਾਈਨ 'ਚ ਪਸਿਆਣਾ ਨੇੜੇ ਹੋਈ ਲੀਕੇਜ ਵਾਲੇ ਸਥਾਨ ਦੀ ਮੁਰੰਮਤ ਦੇ ਕੰਮ ਦਾ ਜਾਇਜ਼ਾ

ਪਟਿਆਲਾ, 24 ਮਈ (ਰੁਪਾਣਾ) : ਪੰਜਾਬ ਦੇ ਜਲ ਸਰੋਤ, ਖਣਨ ਤੇ ਜੀਓਲੋਜੀ ਅਤੇ ਜਲ ਤੇ ਭੂਮੀ ਰੱਖਿਆ ਮੰਤਰੀ ਸ੍ਰੀ ਬਰਿੰਦਰ ਗੋਇਲ ਨੇ ਸਿੰਚਾਈ ਵਿਭਾਗ ਨੂੰ ਸੂਬੇ ਦੀਆਂ ਸਾਰੀਆਂ ਨਹਿਰਾਂ ਦਾ ਜ਼ਮੀਨੀ ਪੱਧਰ 'ਤੇ ਨਿਰੀਖਣ ਕਰਨ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਨਹਿਰਾਂ ਵਿੱਚ ਲੀਕੇਜ ਦਾ ਕੋਈ ਮਾਮਲਾ ਸਾਹਮਣੇ ਨਾ ਆਵੇ। ਉਹ ਅੱਜ ਭਾਖੜਾ ਮੇਨ ਲਾਈਨ ਵਿੱਚ ਪਟਿਆਲਾ ਦੇ ਪਿੰਡ ਪਸਿਆਣਾ ਨੇੜੇ ਸਵੇਰੇ ਕਰੀਬ 6 ਵਜੇ ਹੋਈ ਲੀਕੇਜ ਵਾਲੇ ਸਥਾਨ 'ਤੇ ਚੱਲ ਰਹੇ ਮੁਰੰਮਤ ਦੇ ਕੰਮ ਦਾ ਜਾਇਜ਼ਾ ਲੈਣ ਪੁੱਜੇ ਹੋਏ ਸਨ। ਜਲ ਸਰੋਤ ਮੰਤਰੀ ਬਰਿੰਦਰ ਗੋਇਲ ਵੱਲੋਂ ਇਸ ਗੱਲ ਤੇ ਤਸੱਲੀ ਪ੍ਰਗਟਾਈ ਗਈ ਕਿ ਵਿਭਾਗ ਦੀ ਚੌਕਸੀ ਸਦਕਾ ਸਮੇਂ ਰਹਿੰਦਿਆਂ ਭਾਖੜਾ ਮੇਨ ਲਾਈਨ 'ਚ ਹੋਈ ਲੀਕੇਜ ਨੂੰ ਬੰਦ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਭਾਖੜਾ ਮੇਨ ਲਾਈਨ ਦੀ ਰਿਪੇਅਰ ਦਾ ਕੰਮ ਹੋਣ ਕਰਕੇ ਇਸ ਵਿੱਚ ਪਾਣੀ ਘਟਾਇਆ ਗਿਆ ਸੀ ਅਤੇ ਜਦ 21 ਮਈ ਨੂੰ ਦੁਬਾਰਾ ਪਾਣੀ ਛੱਡਿਆ ਗਿਆ ਤਾਂ



ਪਸਿਆਣਾ ਨੇੜੇ ਲੀਕੇਜ ਦਾ ਪਤਾ ਲੱਗਿਆ ਤਾਂ ਅਧਿਕਾਰੀਆਂ ਨੇ ਫੁਰਤੀ ਦਿਖਾਉਂਦੇ ਇਸ ਨੂੰ ਤੁਰੰਤ ਪਲੱਗ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਜਲ ਸਰੋਤ ਵਿਭਾਗ ਤੇ ਅਧਿਕਾਰੀਆਂ ਵੱਲੋਂ ਪੂਰੀ ਲਾਈਨ ਦੀ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਦੁਬਾਰਾ ਅਜਿਹੀ ਲੀਕੇਜ ਨਾ ਹੋਵੇ। ਇਸ ਦੌਰਾਨ ਮੀਡੀਆ ਵੱਲੋਂ ਪੁੱਛੇ ਸਵਾਲ ਦੇ ਜਵਾਬ ਵਿੱਚ ਜਲ ਸਰੋਤ ਮੰਤਰੀ ਨੇ ਕਿਹਾ ਕਿ ਅਕਸਰ ਨਹਿਰਾ ਵਿੱਚ ਪਾਣੀ ਘਟਣ ਸਮੇਂ ਚੂਹਿਆਂ ਵੱਲੋਂ ਖੱਡਾਂ ਬਣਾ ਲਈਆਂ ਜਾਂਦੀਆਂ ਹਨ ਜਿਸ ਕਾਰਨ ਲੀਕੇਜ ਦੀ ਸਮੱਸਿਆ ਆ ਜਾਂਦੀ ਹੈ। ਬਰਿੰਦਰ ਗੋਇਲ ਨੇ ਦੱਸਿਆ ਕਿ 21 ਮਈ ਤੋਂ ਬਾਅਦ ਨਹਿਰ ਵਿੱਚ 11,700 ਕਿਊਸਿਕ ਪਾਣੀ ਚੱਲਣਾ ਸੀ ਅਤੇ ਕਰੀਬ 11 ਹਜਾਰ ਕਿਊਸਿਕ ਚੱਲ ਰਿਹਾ ਸੀ। ਉਨ੍ਹਾਂ ਕਿਹਾ ਕਿ ਲੀਕੇਜ ਕਾਰਨ ਕੁਝ ਪਾਣੀ ਘਟਾਉਣਾ ਪਿਆ ਹੈ ਜੋ ਕਿ ਮੁਰੰਮਤ ਉਪਰੰਤ ਦੁਬਾਰਾ ਪੂਰੀ ਸਮਰੱਥਾ ਮੁਤਾਬਕ ਛੱਡਿਆ ਜਾਵੇਗਾ। ਇਸ ਮੌਕੇ ਜਲ ਸਰੋਤ ਵਿਭਾਗ ਦੇ ਚੀਫ਼ ਇੰਜੀਨੀਅਰ ਸ਼ੇਰ ਸਿੰਘ, ਐਸ.ਈ ਸੁਖਜੀਤ ਸਿੰਘ ਭੁੱਲਰ, ਐਸ.ਈ. ਅੰਕਿਤ ਧੀਰ, ਐਕਸੀਅਨ ਗੁਰਸ਼ਰਨ ਸਿੰਘ ਵਿਰਕ, ਐਸ.ਡੀ.ਓ ਅਸ਼ੀਸ਼ ਕੁਮਾਰ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।

## ਹੈਰੋਇਨ ਸਮੇਤ ਨੌਜਵਾਨ ਕਾਬੂ

ਸਮਾਣਾ, 24 ਮਈ (ਵਿਜੇ ਕੁਮਾਰ) : ਸਿਟੀ ਪੁਲਸ ਨੇ ਇੱਕ ਨੌਜਵਾਨ ਨੂੰ ਦੋ ਗ੍ਰਾਮ ਹੈਰੋਇਨ ਸਣੇ ਕਾਬੂ ਕਰਕੇ ਉਸਨੂੰ ਅਤੇ ਹੈਰੋਇਨ ਵੈਚਣ ਵਾਲੇ ਨੌਜਵਾਨ ਦੇ ਖਿਲਾਫ ਨਸ਼ਾ ਵਿਰੋਧੀ ਐਕਟ ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜਮਾਂ 'ਚ ਹਰਵਿੰਦਰ ਸਿੰਘ ਨਿਵਾਸੀ ਪਿੰਡ ਪਹਾੜਪੁਰ ਅਤੇ ਸੁਖਮਨਪ੍ਰੀਤ ਸਿੰਘ ਨਿਵਾਸੀ ਨੂਰਪੁਰਾ ਸਮਾਣਾ ਸ਼ਾਮਿਲ ਹਨ। ਸਿਟੀ ਪੁਲਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਏ.ਐਸ.ਆਈ. ਸਿੰਦਰ ਸਿੰਘ ਨੇ ਪੁਲਸ ਪਾਰਟੀ ਸਣੇ ਗਸਤ ਦੌਰਾਨ ਮਿਲੀ ਸੂਚਨਾ ਦੇ ਅਧਾਰ 'ਤੇ ਅਗਰਸੈਨ ਚੌਕ 'ਚ ਨਾਕਾਬੰਦੀ ਕਰਕੇ ਹਰਵਿੰਦਰ ਸਿੰਘ ਨੂੰ ਸ਼ੱਕ ਦੇ ਅਧਾਰ 'ਤੇ ਰੋਕਿਆ, ਅਤੇ ਚੈੱਕ ਕਰਨ 'ਤੇ ਦੋ ਗ੍ਰਾਮ ਹੈਰੋਇਨ ਬਰਾਮਦ ਹੋਣ ਤੇ ਉਸਨੂੰ ਹਿਰਾਸਤ ਵਿੱਚ ਲੈ ਲਿਆ। ਮੁੱਢਲੀ ਪੁੱਛਗਿਛ ਦੌਰਾਨ ਉਸਨੇ ਦੱਸਿਆ ਕਿ ਉਹ ਇਹ ਹੈਰੋਇਨ ਸੁਖਮਨਪ੍ਰੀਤ ਸਿੰਘ ਤੋਂ ਖਰੀਦ ਕਰਕੇ ਲਿਆਇਆ ਸੀ। ਅਧਿਕਾਰੀ ਅਨੁਸਾਰ ਨਾਮਜ਼ਦ ਮੁਲਜ਼ਮ ਸੁਖਮਨਪ੍ਰੀਤ ਸਿੰਘ ਦੀ ਭਾਲ ਕੀਤੀ ਜਾ ਰਹੀ ਹੈ, ਜਦੋਂ ਕਿ ਹਿਰਾਸਤ ਵਿੱਚ ਲਏ ਗਏ ਹਰਵਿੰਦਰ ਸਿੰਘ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰ ਪੁੱਛਗਿੱਛ ਲਈ ਪੁਲਸ ਰਿਮਾਂਡ 'ਤੇ ਲਿਆ ਜਾਵੇਗਾ।

## ਸ਼੍ਰੋਮਣੀ ਕਮੇਟੀ ਦੇ ਸਕੱਤਰ ਨੇ ਡਾ. ਜੱਗੀ ਦੇ ਸਦੀਵੀਂ ਵਿਛੋੜੇ 'ਤੇ ਕੀਤਾ ਦੁੱਖ ਸਾਂਝਾ

ਪਟਿਆਲਾ 24 ਮਈ (ਰੁਪਾਣਾ/ਅਮਰਜੀਤ) : ਪੰਜਾਬੀ ਤੇ ਹਿੰਦੀ ਸਾਹਿਤ ਦੇ ਖੇਤਰ ਵਿਚ ਵਡਮੁੱਲੇ ਕਾਰਜ ਕਰਨ ਵਾਲੇ ਡਾ. ਰਤਨ ਸਿੰਘ ਜੱਗੀ ਵੱਲੋਂ ਪਾਏ ਯੋਗਦਾਨ ਨੂੰ ਕਦੇ ਅਣਡਿੱਠ ਨਹੀਂ ਕੀਤਾ ਜਾ ਸਕਦਾ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਡਾ. ਰਤਨ ਸਿੰਘ ਜੱਗੀ ਦੇ ਸਦੀਵੀ ਵਿਛੋੜਾ ਦੇਣ ਤੋਂ ਬਾਅਦ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਹੋਰਾਂ ਦੇ ਆਦੇਸ਼ਾਂ 'ਤੇ ਉਹ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਪਟਿਆਲਾ ਪੁੱਜੇ ਸਨ। ਇਸ ਦੌਰਾਨ ਸਕੱਤਰ ਪ੍ਰਤਾਪ ਸਿੰਘ ਨੇ



ਕਿਹਾ ਕਿ ਸਿੱਖ ਜਗਤ ਅਤੇ ਸਾਹਿਤ ਦੇ ਖੇਤਰ ਵਿਚ ਡਾ. ਜੱਗੀ ਨੇ ਹਮੇਸ਼ਾ ਅਨਮੋਲ ਖ਼ਜ਼ਾਨਾ ਇਕੱਠਾ ਕਰਨ ਦਾ ਕੰਮ ਕੀਤਾ, ਜੋ ਸਾਡੀ ਅਜੋਕੀ ਪੀੜੀ ਲਈ ਸਰਮਾਏ ਤੋਂ ਘੱਟ ਨਹੀਂ ਹੈ। ਉਨ੍ਹਾਂ ਕਿਹਾ ਕਿ ਡਾ. ਜੱਗੀ ਦੇ ਯੋਗਦਾਨ ਨੂੰ ਭੁਲਾਇਆ ਨਹੀਂ ਜਾ ਸਕਦਾ। ਸਕੱਤਰ ਪ੍ਰਤਾਪ ਸਿੰਘ ਦੇ ਨਾਲ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ, ਮੈਨੇਜਰ ਸੁਰਜੀਤ ਸਿੰਘ ਆਦਿ ਉਚੇਚੇ 'ਤੇ ਮੌਜੂਦ ਸਨ। ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਜਿੱਥੇ ਮਹਾਨ ਕਾਰਜਾਂ ਕਰਕੇ ਡਾ. ਜੱਗੀ ਨੂੰ ਪੰਜਾਬ ਸਰਕਾਰ ਤੋਂ ਇਲਾਵਾ ਭਾਰਤ ਸਰਕਾਰ ਨੇ ਵੱਖ-ਵੱਖ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ। ਉਨ੍ਹਾਂ ਅਰਦਾਸ ਕੀਤੀ ਕਿ ਪ੍ਰਮਾਤਮਾ ਡਾ.ਜੱਗੀ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰੇ। ਉਨ੍ਹਾਂ ਦਾ ਵਿਛੋੜਾ ਅਸਹਿ ਤੇ ਅਕਹਿ ਹੈ।

## ਵਿਧਾਇਕ ਕੋਹਲੀ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ 'ਚ ਲੱਖਾਂ ਦੀ ਗ੍ਰਾਂਟ ਦੇ ਵਿਕਾਸ ਕਾਰਜ ਲੋਕ ਅਰਪਿਤ

ਪਟਿਆਲਾ, 24 ਮਈ (ਰੁਪਾਣਾ) : ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਅੱਜ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ ਵਿਖੇ ਲਗਭਗ 24 ਲੱਖ ਰੁਪਏ ਦੀ ਗ੍ਰਾਂਟਾਂ ਨਾਲ ਹੋਏ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ। ਇਸ ਮੌਕੇ ਵਿਦਿਆਰਥੀਆਂ ਦਾ ਸਨਮਾਨ ਕਰਦਿਆਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪੰਜਾਬ ਦੇ ਸਕੂਲ ਦੇਸ਼ ਲਈ ਮਾਡਲ ਬਣ ਗਏ ਹਨ। ਵਿਧਾਇਕ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ



ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪ੍ਰਿੰਸੀਪਲਾਂ ਤੇ ਅਧਿਆਪਕਾਂ ਨੂੰ ਅਗਲੇਰੀ ਸਿਖਲਾਈ ਲਈ ਸਿੰਗਾਪੁਰ ਤੇ ਫਿਨਲੈਂਡ ਆਦਿ ਦੇਸ਼ਾਂ ਵਿਖੇ ਟ੍ਰੇਨਿੰਗ ਕਰਵਾ ਕੇ ਵਿਸ਼ਵ ਪੱਧਰੀ ਵਿੱਦਿਅਕ ਮਾਹੌਲ ਸਿਰਜਿਆ ਗਿਆ ਹੈ। ਸਮਾਰੋਹ ਮੌਕੇ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ। ਇਸ ਮੌਕੇ ਮਿਊਂਸੀਪਲ ਕੌਂਸਲਰ ਜਗਮੋਹਨ ਸਿੰਘ, ਪ੍ਰੋਗਰਾਮ ਹਲਕਾ ਕੋਆਰਡੀਨੇਟਰ ਅਮਿਤ ਡਾਬੀ, ਹਲਕਾ ਨੋਡਲ ਅਫਸਰ ਮਨੋਜ ਥਾਪਰ, ਹੈਡ ਮਿਸਟ੍ਰੈਸ ਰੁਪਿੰਦਰ ਕੌਰ ਗਰੇਵਾਲ, ਮਹਿਲਾ ਵਿੰਗ ਦੇ ਹਲਕਾ ਕੋਆਰਡੀਨੇਟਰ ਮੋਨਿਕਾ ਸ਼ਰਮਾ, ਮਹਿਲਾ ਆਗੂ ਦੀਪਮਾਲਾ ਅਤੇ ਇਲਾਕੇ ਦੇ ਪਤਵੰਤੇ ਸੱਜਣ ਵੀ ਹਾਜ਼ਰ ਰਹੇ।

## ਫ਼ਿਲਮ 'ਸ਼ੌਂਕੀ ਸਰਦਾਰ' ਦੀ ਪ੍ਰਮੋਸ਼ਨ ਲਈ ਬੱਬੂ ਮਾਨ ਤੇ ਉਨ੍ਹਾਂ ਦੀ ਟੀਮ ਪਹੁੰਚੀ ਪਾਤੜਾਂ

### ਫ਼ਿਲਮ 'ਹਸ਼ਰ-2' ਬਣਾਉਣ ਬਾਰੇ ਆਪਣੇ ਸਾਥੀਆਂ ਨਾਲ ਕਰਾਂਗਾ ਵਿਚਾਰ ਚਰਚਾ : ਬੱਬੂ ਮਾਨ



ਪਾਤੜਾਂ, 24 ਮਈ (ਹਰਮਿੰਦਰ ਕਰਤਾਰਪੁਰ): ਪੰਜਾਬੀ ਗਾਇਕ ਅਤੇ ਫਿਲਮੀ ਅਦਾਕਾਰ ਬੱਬੂ ਮਾਨ ਆਪਣੀ ਫਿਲਮ ਸ਼ੌਂਕੀ ਸਰਦਾਰ ਦੀ ਪ੍ਰਮੋਸ਼ਨ ਲਈ ਫਿਲਮ ਦੇ ਪ੍ਰੋਡਿਊਸਰ ਧਰਮਿੰਦਰ ਬਟੋਲੀ ਅਤੇ ਸਰਪੰਚ ਬਲਜਿੰਦਰ ਸਿੰਘ ਜੋਗੇਵਾਲ ਨਾਲ ਪਾਤੜਾਂ ਦੇ ਸਿਨੇਮਾ ਵਿੱਚ ਪਹੁੰਚੇ। ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ, ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਸੀਨੀਅਰ 'ਆਪ' ਆਗੂ ਅਤੇ ਬਲਾਕ ਪਾਤੜਾਂ ਦੇ ਪ੍ਰਧਾਨ ਪ੍ਰੀਤ ਗਿੱਲ, ਕੁਲਦੀਪ ਸਿੰਘ ਥਿੰਦ, ਕੌਂਸਲਰ ਕੁਲਦੀਪ ਸਿੰਘ ਬਿੱਟੂ ਬਦੇਸ਼ਾ, ਸਰਪੰਚ ਕਰਨੈਲ ਸਿੰਘ ਨਾਮਸੋਤ, ਕੌਂਸਲਰ ਸੋਨੀ ਠੇਕੇਦਾਰ ਅਤੇ ਸਮਾਜ ਸੇਵੀ ਅੰਮ੍ਰਿਤਪਾਲ ਸਿੰਘ ਕਾਲੇਕਾ, ਮੇਜਰ ਸਿੰਘ ਮਤੌਲੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਮੀਡੀਆ ਨਾਲ ਗੱਲਬਾਤ ਕਰਦਿਆਂ ਅਦਾਕਾਰ ਬੱਬੂ ਮਾਨ ਨੇ ਕਿਹਾ ਕਿ ਉਨ੍ਹਾਂ ਵਲੋਂ ਪੰਜਾਬ ਅਤੇ ਪੰਜਾਬੀਆਂ ਦੇ ਹਰ ਵਿਸ਼ੇ ਨਾਲ ਜੁੜੀਆਂ ਫਿਲਮਾਂ ਬਣਾਉਣ ਨੂੰ ਪਹਿਲ ਦਿੱਤੀ ਜਾਂਦੀ ਹੈ। ਫਿਲਮ ਸ਼ੌਂਕੀ ਸਰਦਾਰ ਦੀ ਕਹਾਣੀ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਇਹ ਇੱਕ ਪਰਿਵਾਰਕ ਫਿਲਮ ਹੈ। ਬੱਬੂ ਮਾਨ ਨੇ ਦੱਸਿਆ ਕਿ ਫਿਲਮ ਵਿੱਚ ਉਨ੍ਹਾਂ ਤੋਂ ਬਿਨ੍ਹਾਂ ਗੁਰੂ ਰੰਧਾਵਾ, ਗੁੱਗੂ ਗਿੱਲ, ਅਦਾਕਾਰਾ ਹਸ਼ਨੀਨ ਚੋਹਾਨ, ਨਿਮਰਤ ਕੌਰ ਆਹਲੂਵਾਲੀਆ ਅਤੇ ਸੁਨੀਤਾ ਧੀਰ ਵਲੋਂ ਮੁੱਖ ਭੂਮਿਕਾਵਾਂ ਨਿਭਾਈਆਂ ਗਈਆਂ ਹਨ ਜਦ ਕਿ ਫਿਲਮ ਦੇ ਡਾਇਰੈਕਟਰ ਧੀਰਜ ਕੇਦਾਰਨਾਥ ਰਤਨ ਅਤੇ ਪ੍ਰੋਡਿਊਸਰ ਈਸ਼ਾਨ ਕਪੂਰ, ਸ਼ਾਹ ਜੰਡਾਲੀ, ਧਰਮਿੰਦਰ ਬਟੋਲੀ ਅਤੇ ਸਰਪੰਚ ਬਲਜਿੰਦਰ ਸਿੰਘ ਜੋਗੇਵਾਲ ਹਨ। ਉਨ੍ਹਾਂ ਦੱਸਿਆ ਕਿ ਸਰੋਤਿਆਂ ਦੀ ਪੁਰਜ਼ੋਰ ਮੰਗ ਉੱਪਰ ਉਹ ਜਲਦ ਹੀ ਹਸ਼ਰ 2 ਫਿਲਮ ਬਣਾਉਣ ਬਾਰੇ ਆਪਣੇ ਸਾਥੀਆਂ ਨਾਲ ਵਿਚਾਰ ਚਰਚਾ ਕਰ ਰਹੇ ਹਨ। ਮੀਡੀਆ ਨਾਲ ਗੱਲਬਾਤ ਕਰਨ ਤੋਂ ਬਾਅਦ ਬੱਬੂ ਮਾਨ ਫਿਲਮ ਸ਼ੌਂਕੀ ਸਰਦਾਰ ਵੇਖਣ ਆਏ ਸਰੋਤਿਆਂ ਨਾਲ ਰੂਬਰੂ ਹੋਏ।

## ਸਮਾਣਾ ਵਿਖੇ ਉਪ-ਮੰਡਲ ਪੱਧਰ 'ਤੇ ਲਗਾਈ ਕੌਮੀ ਲੋਕ ਅਦਾਲਤ 'ਚ ਸੈਂਕੜੇ ਕੇਸਾਂ ਦਾ ਨਿਪਟਾਰਾ

### ☛ਇੱਕ ਕਰੋੜ ਤੋਂ ਵੱਧ ਦੇ ਐਵਾਰਡ ਪਾਸ



ਸਮਾਣਾ, 24 ਮਈ (ਵਿਜੇ ਕੁਮਾਰ/ਜਵੰਦਾ) : ਸਮਾਣਾ ਦੀਆਂ ਨਿਆਇਕ ਅਦਾਲਤਾਂ ਵਿਖੇ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਰੁਪਿੰਦਰਜੀਤ ਚਹਿਲ ਅਤੇ ਸਕੱਤਰ-ਕਮ-ਮੁੱਖ ਨਿਆਇਕ ਜੱਜ ਅਮਨਦੀਪ ਕੰਬੋਜ਼, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੀ ਅਗਵਾਈ ਵਿਚ ਇਸ ਸਾਲ ਦੀ ਦੂਜੀ ਕੌਮੀ ਲੋਕ ਅਦਾਲਤ ਮਨਦੀਪ ਸਿੰਘ ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ) ਸਮਾਣਾ ਦੀ ਪ੍ਰਧਾਨਗੀ ਹੇਠ ਲਗਾਈ ਗਈ ਜਿਸ ਵਿਚ ਸੈਂਕੜੇ ਮਾਮਲਿਆਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਨਾਲ ਲੋਕਾਂ ਨੂੰ ਨਿਆਂ ਦਿੱਤਾ ਗਿਆ। ਸਮਾਣਾ ਵਿਖੇ 6 ਕੌਮੀ ਲੋਕ ਅਦਾਲਤਾਂ ਲਗਾਈਆਂ ਗਈਆਂ ਜਿਨ੍ਹਾਂ ਵਿਚੋਂ ਇਕ ਲੋਕ ਅਦਾਲਤ ਦੀ ਪ੍ਰਧਾਨਗੀ ਮਨਦੀਪ ਸਿੰਘ ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ) ਸਮਾਣਾ, ਦੂਜੀ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਮਿਸ ਏਕਤਾ ਸੇਡਾ ਸਿਵਲ ਜੱਜ (ਜੂਨੀਅਰ ਡਵੀਜ਼ਨ) ਅਤੇ ਤੀਜੀ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਡਾ. ਰਾਜਵਿੰਦਰ ਕੌਰ ਸਿਵਲ ਜੱਜ (ਜੂਨੀਅਰ ਡਵੀਜ਼ਨ) ਸਮਾਣਾ ਨੇ ਕੀਤੀ। ਚੌਥੀ ਅਦਾਲਤ ਦੀ ਪ੍ਰਧਾਨਗੀ ਸਿਵਲ ਜੱਜ ਜਸਲੀਨ ਕੌਰ ਬਵੇਜਾ, ਪੰਜਵੀ ਲੋਕ ਅਦਾਲਤ ਦੀ ਪ੍ਰਧਾਨਗੀ ਸਿਵਲ ਜੱਜ ਮੋਹਨੀ ਗੋਇਲ ਅਤੇ ਛੇਵੀਂ ਲੋਕ ਅਦਾਲਤ ਦੀ ਪ੍ਰਧਾਨਗੀ ਸਿਵਲ ਜੱਜ ਡਿੰਪਲ ਗਰਗ ਨੇ ਕੀਤੀ। ਕੌਮੀ ਲੋਕ ਅਦਾਲਤਾਂ ਵਿਚ ਸੁਣਵਾਈ ਲਈ ਕੁਲ ਪੇਸ਼ ਹੋਏ ਕੇਸਾਂ ਵਿਚੋਂ ਸੈਂਕੜੇ ਕੇਸਾਂ ਦੇ ਆਪਸੀ ਸਮਝੌਤਿਆਂ ਰਾਹੀਂ ਫੈਸਲੇ ਕਰਵਾ ਦਿੱਤੇ ਗਏ ਅਤੇ ਇਕ ਕਰੋੜ ਰੁਪਏ ਤੋਂ ਵੱਧ ਐਵਾਰਡ ਪਾਸ ਕੀਤੇ ਗਏ। ਇਸ ਮੌਕੇ ਲੋਕ ਅਦਾਲਤ ਕਮੇਟੀ ਮੈਂਬਰ ਐਡਵੋਕੇਟ ਸੰਜੀਵ ਬਾਂਸਲ, ਬਲਰਾਜ ਨਰਾਇਨ, ਅਰਵਿੰਦਰ ਸਿੰਘ, ਮਨਪ੍ਰੀਤ ਕੌਰ, ਪਾਇਲ ਅਤੇ ਹਿਮਾਂਸ਼ੀ ਐਡਵੋਕੇਟ, ਸੋਮ ਪ੍ਰਕਾਸ਼, ਪਵਨ ਸ਼ਾਸ਼ਤਰੀ, ਸ਼ਿਵ ਕੁਮਾਰ, ਆਸਾ ਨੰਦ ਤੁਲਾਨੀ, ਸੰਜੇ ਸਿੰਗਲਾ, ਜਤਿੰਦਰ ਕੁਮਾਰ, ਰੀਡਰ ਮੇਜਰ ਸਿੰਘ, ਰੀਡਰ ਗੁਰਦੀਪ ਸਿੰਘ, ਰੀਡਰ ਰਜਿੰਦਰ ਸਿੰਘ, ਰੀਡਰ ਰਾਹੁਲ ਢੀਂਗੜਾ, ਰੀਡਰ ਕ੍ਰਿਸ਼ਨ ਕੁਮਾਰ ਅਤੇ ਸਰਵੇਸ਼ ਕੁਮਾਰ ਰੀਡਰ ਸਨ। ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨਵਦੀਪ ਸਿੰਘ ਢਿੱਲੋਂ, ਮੀਤ ਪ੍ਰਧਾਨ ਸੰਦੀਪ ਜਿੰਦਲ, ਸਕੱਤਰ ਕਸ਼ਮੀਰ ਸਿੰਘ ਚੁੰਬਰ, ਕੁਲਜੀਤ ਸਿੰਘ ਵਿਰਕ, ਬਘੇਲ ਸਿੰਘ ਸੰਧੂ, ਖਵਾਬ ਸੋਨੀ, ਦਵਿੰਦਰ ਸਿੰਘ ਢਿੱਲੋਂ, ਕੁਲਵੰਤ ਸਿੰਘ ਢਿੱਲੋਂ, ਕਸ਼ਮੀਰ ਸਿੰਘ ਵਿਰਕ, ਕੁਲਵਿੰਦਰ ਸਿੰਘ ਗਲੌਲੀ, ਇੰਦਰਜੀਤ ਸਿੰਘ ਸਲੂਜਾ, ਜਸਬੀਰ ਸਿੰਘ, ਨਿਰਲੇਪ ਕੌਰ, ਸਾਹਿਬ ਸਿੰਘ ਐਡਵੋਕੇਟ ਅਤੇ ਕੇਸਾਂ ਦੀ ਸੁਣਵਾਈ ਵਾਲੇ ਲੋਕ ਹਾਜ਼ਰ ਸਨ।

## ਮਦਰ ਇੰਡੀਆ ਪਬਲਿਕ ਸਕੂਲ ਵਿਖੇ ਵਿਦਿਆਰਥੀ ਕੌਂਸਲ ਦੀ ਤਾਜਪੋਸ਼ੀ




ਪਾਤੜਾਂ, 24 ਮਈ (ਹਰਮਿੰਦਰ ਕਰਤਾਰਪੁਰ) : ਸਬ ਡਵੀਜ਼ਨ ਪਾਤੜਾਂ ਦੀ ਨਾਮਵਾਰ ਸਿੱਖਿਆ ਸੰਸਥਾ ਮਦਰ ਇੰਡੀਆ ਪਬਲਿਕ ਸਕੂਲ ਵਿਖੇ ਸਕੂਲ ਦੇ ਚੇਅਰਮੈਨ ਰਾਕੇਸ਼ ਗਰਗ ਅਤੇ ਡਾਇਰੈਕਟਰ ਮੈਡਮ ਵੀਨਾ ਰਾਣੀ ਦੀ ਰਹਿਨੁਮਾਈ ਹੇਠ ਸਕੂਲ ਦੀ ਵਿਦਿਆਰਥੀ ਕੌਂਸਲ ਦੀ ਚੋਣ ਕੀਤੀ ਗਈ, ਜਿਸ ਵਿਚ ਬਾਰ੍ਹਵੀਂ ਕਲਾਸ ਦੇ ਵਿਦਿਆਰਥੀ ਜਸਕਰਨ ਸਿੰਘ ਨੂੰ ਹੈੱਡ ਬੁਆਏ ਅਤੇ ਲਵਦੀਪ ਕੌਰ ਨੂੰ ਸਕੂਲ ਦੀ ਹੈਡ ਗਰਲ ਨਿਯੁਕਤ ਕੀਤਾ ਗਿਆ। ਸਕੂਲ ਨਾਲ ਸਬੰਧਿਤ ਚਾਰ ਹਾਊਸਾਂ, ਸਵਾਮੀ ਵਿਵੇਕਾਨੰਦ, ਚਾਣਕਯ, ਰਾਬਿੰਦਰ ਨਾਥ ਟੈਗੋਰ, ਐਸ ਰਾਧਾਕ੍ਰਿਸ਼ਨਨ ਦੇ ਕਪਤਾਨ ਅਤੇ ਉਪ ਕਪਤਾਨਾਂ ਦੀ ਚੋਣ ਸਕੂਲ ਵਿੱਚ ਵਿਦਿਆਰਥੀਆਂ ਦੁਆਰਾ ਵੋਟਾਂ ਪਾ ਕੇ ਨਿਰਪੱਖ ਤਰੀਕੇ ਨਾਲ ਕੀਤੀ ਗਈ। ਜਿਸ ਵਿਚ ਕੈਪਟਨ ਅਰਸ਼ਦੀਪ ਕੌਰ, ਪ੍ਰਭਜੋਤ ਸਿੰਘ, ਅਰਸ਼ਪ੍ਰੀਤ ਕੌਰ, ਨਕੁਲ ਬਾਂਸਲ ਅਤੇ ਵਾਈਸ ਕੈਪਟਨ ਅੰਸ਼ਵਤਨ, ਸੁਖਵੀਰ ਸਿੰਘ, ਸੁਖਮਨਦੀਪ ਕੌਰ ਅਤੇ ਕਸ਼ਿਸ਼ਪ੍ਰੀਤ ਕੌਰ ਨੂੰ ਚੁਣਿਆ ਗਿਆ। ਇਸ ਗਤੀਵਿਧੀ ਤਹਿਤ ਸਕੂਲ ਦੇ ਈਕੋ ਕਲੱਬ ਦਾ ਪ੍ਰੈਜ਼ੀਡੈਂਟ ਰਿਸ਼ਬਜੋਤ ਸਿੰਘ, ਲਿਟਰੇਰੀ ਕਲੱਬ ਦਾ ਮਨਦੀਪ ਸਿੰਘ, ਹੈਲਥ ਐਂਡ ਵੈਲਨੇਸ ਕਲੱਬ ਦੀ ਪ੍ਰੈਜ਼ੀਡੈਂਟ ਰੰਜਨ, ਆਰਟ ਕਲੱਬ ਦਾ ਮਨਜੋਤ ਸ਼ਰਮਾ ਅਤੇ ਬਾਕੀ ਅਹੁਦੇਦਾਰਾਂ ਤੇ ਐਕਜ਼ੀਕਿਊਟਿਵ ਮੈਂਬਰਾਂ ਦੀ ਚੋਣ ਵੀ ਕੀਤੀ ਗਈ। ਸਮਾਗਮ ਦੇ ਅੰਤ ਵਿੱਚ ਪ੍ਰਿੰਸੀਪਲ ਡਾ. ਨੀਤਿਕਾ ਗੁਪਤਾ ਵੱਲੋਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੱਤੀ।

## ਪੰਜਾਬੀ ਯੂਨੀਵਰਸਿਟੀ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਵਸ ਨੂੰ ਸਮਰਪਿਤ ਸਮਾਗਮ




ਪਟਿਆਲਾ, 24 ਮਈ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੀ ਸ਼ਹੀਦ ਕਰਤਾਰ ਸਿੰਘ ਸਰਾਭਾ ਚੇਅਰ ਵੱਲੋਂ ਵਰਲਡ ਪੰਜਾਬੀ ਸੈਂਟਰ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਮੁੱਖ ਬੁਲਾਰੇ ਵਜੋਂ ਪੁੱਜੇ ਡਾ. ਸੁਰਿੰਦਰ ਧੰਜਲ, ਪ੍ਰੋਫ਼ੈਸਰ ਅਮੈਰੀਟਸ, ਥਾਮਸਨ ਰਿਵਰਜ਼ ਯੂਨੀਵਰਸਿਟੀ, ਕੈਮਲੂਪਸ, ਕੈਨੇਡਾ ਨੇ ਗ਼ਦਰ ਲਹਿਰ ਦੇ ਅਜ਼ਾਦੀ ਸੰਗਰਾਮ ਵਿਚ ਪਾਏ ਯੋਗਦਾਨ ਬਾਰੇ ਚਰਚਾ ਕਰਦਿਆਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਅਦੁੱਤੀ ਸ਼ਹੀਦੀ ਨੂੰ ਪੰਜਾਬ ਦੀ ਇਕਨਲਾਬੀ ਵਿਰਾਸਤ ਨਾਲ ਜੋੜ ਕੇ ਵਿਚਾਰ ਪ੍ਰਗਟਾਏ। ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੀਵਨ ਦੀਆਂ ਵੱਖ-ਵੱਖ ਘਟਨਾਵਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਦੱਸਿਆ ਕਿ ਸਰਾਭਾ ਨੇ ਬਹੁਤ ਛੋਟੀ ਉਮਰ ਵਿਚ ਹੀ ਗ਼ਦਰ ਲਹਿਰ ਨਾਲ ਜੁੜ ਕੇ ਦੇਸ਼ ਨੂੰ ਸਾਮਰਾਜਵਾਦ ਤੋਂ ਆਜ਼ਾਦ ਕਰਵਾਉਣ ਦਾ ਟੀਚਾ ਮਿੱਥ ਲਿਆ ਸੀ। ਇਸ ਟੀਚੇ ਨੂੰ ਉਨ੍ਹਾਂ ਆਪਣੇ ਸਾਥੀਆਂ ਸਮੇਤ ਫ਼ਾਂਸੀ 'ਤੇ ਚੜ੍ਹ ਕੇ ਪ੍ਰਾਪਤ ਕਰਨ ਦੇ ਯਤਨ ਕੀਤੇ ਜਿਨ੍ਹਾਂ ਨੂੰ ਬਾਅਦ ਵਿਚ ਸ਼ਹੀਦੇ ਆਜ਼ਮ ਭਗਤ ਸਿੰਘ ਤੇ ਊਧਮ ਸਿੰਘ ਵਰਗੇ ਯੋਧਿਆਂ ਨੇ ਜਾਰੀ ਰੱਖਿਆ। ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਡਾ. ਰਜਿੰਦਰਪਾਲ ਸਿੰਘ ਬਰਾੜ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਇਨਕਲਾਬੀ ਸਿਆਸਤ ਦੀਆਂ ਕਈ ਗੰਭੀਰ ਸਮੱਸਿਆਵਾਂ ਬਾਰੇ ਗੱਲ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ ਡਾ. ਸੁਰਜੀਤ ਸਿੰਘ ਭੱਟੀ ਨੇ ਕਿਹਾ ਕਿ ਅੱਜ ਸਾਨੂੰ ਲੋੜ ਹੈ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ ਜੀਵਨ ਤੋਂ ਸੇਧ ਲੈ ਕੇ ਅੱਗੇ ਵਧਿਆ ਜਾਵੇ। ਸ਼ਹੀਦ ਕਰਤਾਰ ਸਿੰਘ ਸਰਾਭਾ ਚੇਅਰ ਦੇ ਕੋਆਰਡੀਨੇਟਰ ਡਾ. ਭੀਮ ਇੰਦਰ ਸਿੰਘ ਵੱਲੋਂ ਮੰਚ ਸੰਚਾਲਨ ਕੀਤਾ ਗਿਆ। ਇਸ ਸਮਾਗਮ ਦੇ ਸ਼ੁਰੂ ਵਿਚ ਸੰਗੀਤ ਵਿਭਾਗ ਦੇ ਅਧਿਆਪਕ ਰਾਜਿੰਦਰ ਸਿੰਘ ਅਤੇ ਡਾ. ਨਿਰਮਲ ਨਿੰਮਾ ਵੱਲੋਂ ਇਨਕਲਾਬੀ ਗੀਤਾਂ ਦਾ ਗਾਇਨ ਕੀਤਾ ਗਿਆ। ਸਮਾਗਮ ਵਿਚ ਆਏ ਮਹਿਮਾਨਾਂ ਦਾ ਰਸਮੀ ਧੰਨਵਾਦ ਸ੍ਰੀ ਦਿਆਲ ਸਿੰਘ ਗਿੱਲ ਐਸ.ਡੀ.ਓ. ਵੱਲੋ ਕੀਤਾ ਗਿਆ। ਇਸ ਸਮਾਗਮ ਵਿਚ ਡਾ. ਚਰਨਜੀਤ ਕੌਰ, ਡਾ. ਵੀਰਪਾਲ ਕੌਰ, ਡਾ. ਜਸਪਾਲ ਦਿਓਲ, ਬਲੀਜੀਤ ਸਿੰਘ ਕਲਾਕਾਰ, ਅਰਵਿੰਦਰ ਕੌਰ, ਨਰਿੰਦਰ ਪਾਲ ਸਿੰਘ ਅਤੇ ਹੋਰ ਵੱਡੀ ਗਿਣਤੀ ਵਿਚ ਖੋਜਾਰਥੀ ਤੇ ਵਿਦਿਆਰਥੀ ਸ਼ਾਮਲ ਹੋਏ।

## ਜ਼ਿਲੇ 'ਚ 47 ਨੈਸ਼ਨਲ ਲੋਕ ਅਦਾਲਤ ਬੈਂਚਾਂ 'ਚ ਕੇਸਾਂ ਦੀ ਸੁਣਵਾਈ

ਪਟਿਆਲਾ, 24 ਮਈ (ਵਿਨੋਦ ਸ਼ਰਮਾ/ਅਮਰਜੀਤ) : ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ- ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਰੁਪਿੰਦਰਜੀਤ ਚਾਹਲ ਦੀ ਯੋਗ ਅਗਵਾਈ ਅਤੇ ਮੁਨੀਸ਼ ਅਰੋੜਾ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ, ਪਟਿਆਲਾ ਦੀ ਨਿਗਰਾਨੀ ਹੇਠ ਹਰ ਕਿਸਮ ਦੇ ਕੇਸਾਂ (ਨਾਨ ਕੰਪਾਊਂਡੇਬਲ ਕ੍ਰਿਮੀਨਲ ਕੇਸਾਂ ਨੂੰ ਛੱਡ ਕੇ) ਸਬੰਧੀ ਨੈਸ਼ਨਲ ਲੋਕ ਅਦਾਲਤ ਜ਼ਿਲ੍ਹਾ ਪਟਿਆਲਾ ਵਿਖੇ ਲਗਾਈ ਗਈ। ਇਸ ਮੌਕੇ 'ਤੇ ਜ਼ਿਲ੍ਹਾ ਪਟਿਆਲਾ ਵਿੱਚ 47 ਬੈਂਚਾਂ (28 ਪਟਿਆਲਾ ਵਿੱਚ, 6 ਰਾਜਪੁਰਾ ਵਿੱਚ, 5 ਨਾਭਾ ਵਿੱਚ ਅਤੇ 6 ਸਮਾਣਾ ਵਿੱਚ ) ਦਾ ਗਠਨ ਕੀਤਾ ਗਿਆ। ਇੰਤਕਾਲ ਅਤੇ ਵੰਡ ਆਦਿ ਨਾਲ ਸਬੰਧਤ ਵੱਧ ਤੋਂ ਵੱਧ ਕੇਸਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪਟਿਆਲਾ ਦੀ ਮਾਲ ਅਦਾਲਤ ਵਿੱਚ ਵੀ 1 ਬੈਂਚ ਦਾ ਗਠਨ ਕੀਤਾ ਗਿਆ ਸੀ। ਇਸ ਤੋਂ



ਇਲਾਵਾ ਵਿਆਹੁਤਾ ਝਗੜਿਆਂ ਦੇ ਕੇਸ ਦਰਜ ਹੋਣ ਤੋਂ ਪਹਿਲਾਂ ਆਪਸੀ ਸਮਝੌਤੇ ਰਾਹੀਂ ਕੇਸਾਂ ਦਾ ਨਿਪਟਾਰਾ ਕਰਨ ਲਈ ਵੂਮੈਨ ਸੈੱਲ, ਪਟਿਆਲਾ ਵਿਖੇ 01 ਬੈਂਚ ਦਾ ਗਠਨ ਵੀ ਕੀਤਾ ਗਿਆ। ਇਸ ਤਰ੍ਹਾਂ ਜ਼ਿਲ੍ਹਾ ਪਟਿਆਲਾ ਵਿੱਚ 47 ਨੈਸ਼ਨਲ ਲੋਕ ਅਦਾਲਤ ਬੈਂਚਾਂ ਵਿੱਚ ਕੇਸਾਂ ਦੀ ਸੁਣਵਾਈ ਕੀਤੀ ਗਈ। ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਵੱਖ-ਵੱਖ ਸ਼੍ਰੇਣੀਆਂ ਅਧੀਨ ਕੇਸਾਂ ਦੀ ਸੁਣਵਾਈ ਕੀਤੀ ਗਈ ਅਤੇ ਕੁੱਲ 25059 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ ਅਤੇ 695084334/- ਰੁਪਏ ਦੇ ਅਵਾਰਡ ਪਾਸ ਕੀਤੇ ਗਏ। ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਮੈਡਮ ਰੁਪਿੰਦਰਜੀਤ ਚਾਹਲ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ- ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਨੇ ਮੈਡਮ ਅਮਨਦੀਪ ਕੰਬੋਜ, ਸੀ.ਜੇ.ਐਮ/ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਦੇ ਨਾਲ ਇਸ ਨੈਸ਼ਨਲ ਲੋਕ ਅਦਾਲਤ ਦੇ ਬੈਂਚਾਂ ਦਾ ਦੌਰਾ ਕੀਤਾ ਅਤੇ ਧਿਰਾਂ ਨੂੰ ਆਪੋ-ਆਪਣੇ ਝਗੜਿਆਂ ਦਾ ਨਿਪਟਾਰਾ ਆਪਸੀ ਸਹਿਮਤੀ ਨਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਮੈਡਮ ਅਮਨਦੀਪ ਕੰਬੋਜ, ਸੀ.ਜੇ.ਐੱਮ.-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਨੇ ਲੋਕ ਅਦਾਲਤਾਂ ਦੇ ਬਹੁਤ ਸਾਰੇ ਫਾਇਦਿਆਂ ਬਾਰੇ ਚਾਨਣਾ ਪਾਇਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇੱਕ ਵਾਰ ਲੋਕ ਅਦਾਲਤ ਵਿੱਚ ਕੇਸ ਦਾ ਨਿਪਟਾਰਾ ਹੋ ਜਾਣ ਤੋਂ ਬਾਅਦ, ਇਸਦਾ ਫੈਸਲਾ ਅੰਤਿਮ ਬਣ ਜਾਂਦਾ ਹੈ ਅਤੇ ਇਸਦੀ ਅਪੀਲ ਨਹੀਂ ਕੀਤੀ ਜਾ ਸਕਦੀ। ਇਸ ਤੋਂ ਇਲਾਵਾ, ਪਾਰਟੀਆਂ ਦੁਆਰਾ ਪਹਿਲਾਂ ਅਦਾ ਕੀਤੀ ਕੋਈ ਵੀ ਅਦਾਲਤੀ ਫੀਸ ਵਾਪਸ ਕਰ ਦਿੱਤੀ ਜਾਂਦੀ ਹੈ। ਇਹ ਪ੍ਰਕਿਰਿਆ ਸ਼ਾਮਲ ਧਿਰਾਂ ਦੀਆਂ ਆਪਸੀ ਸਹਿਮਤੀ ਵਾਲੀਆਂ ਸ਼ਰਤਾਂ ਦੇ ਅਨੁਸਾਰ, ਝਗੜਿਆਂ ਦੇ ਤੇਜ਼ੀ ਨਾਲ ਹੱਲ ਨੂੰ ਯਕੀਨੀ ਬਣਾਉਂਦੀਹੈ, ਜਿਸ ਨਾਲ ਸਾਰਿਆਂ ਲਈ ਇੱਕ ਲਾਹੇਵੰਦ ਨਤੀਜਾ ਨਿਕਲਦਾ ਹੈ। ਲੋਕ ਅਦਾਲਤਾਂ ਦਾ ਮੁੱਢਲਾ ਟੀਚਾ ਸਮਝੌਤੇ ਰਾਹੀਂ ਸੁਖਾਵੇਂ ਮਾਹੌਲ ਨੂੰ ਉਤਸ਼ਾਹਿਤ ਕਰਨਾ ਹੈ, ਅੰਤ ਵਿੱਚ ਸਮੇਂ, ਪੈਸੇ ਦੀ ਬਚੱਤ ਕਰਨਾ ਅਤੇ ਝਗੜੇ ਵਾਲੀਆਂ ਧਿਰਾਂ ਵਿਚਕਾਰ ਨਿੱਜੀ ਦੁਸ਼ਮਣੀ ਨੂੰ ਘਟਾਉਣਾ ਹੈ। ਇਸ ਨੈਸ਼ਨਲ ਲੋਕ ਅਦਾਲਤ ਦੀ ਮਹੱਤਵਪੂਰਨ ਵਿਸ਼ੇਸ਼ਤਾ 372 ਪਰਿਵਾਰਿਕ ਝਗੜਿਆਂ ਨਾਲ ਸੰਬੰਧਤ ਕੇਸਾਂ ਦਾ ਨਿਪਟਾਰਾ ਕਰਨਾ ਸੀ। ਇਸ ਦੇ ਨਾਲ ਹੀ ਮੈਡਮ ਅੰਜਨਾ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਪਟਿਆਲਾ ਦੀ ਅਦਾਲਤ ਵਿੱਚ 30,39,09,114/- ਰੁਪਏ ਦੇ 6 ਮਾਮਲੇ ਪੈਂਡਿੰਗ ਸਨ। ਇਸ ਨੈਸ਼ਨਲ ਲੋਕ ਅਦਾਲਤ ਦੇ ਪਰੀਜਾਇਡਿੰਗ ਅਫਸਰ ਅਤੇ ਮੈਂਬਰ ਸਾਹਿਬਾਨ ਦੀਆਂ ਕੋਸ਼ਿਸ਼ਾਂ ਅਤੇ ਦਖਲ ਨਾਲ ਵਿੱਚ ਪਾਰਟੀਆਂ ਵਿਚਕਾਰ ਝਗੜੇ ਨੂੰ ਆਪਸੀ ਸਹਿਮਤੀ ਨਾਲ ਹਲ ਕਰਵਾ ਦਿੱਤਾ ਗਿਆ।

## ਪੁਲਿਸ ਵੱਲੋਂ ਲਾਹਣ ਅਤੇ ਸ਼ਰਾਬ ਬ੍ਰਾਮਦ

ਪਟਿਆਲਾ, 24 ਮਈ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਹਰਜਿੰਦਰ ਸਿੰਘ ਵਾਸੀ ਪਿੰਡ ਸੰਕਰਪੁਰ ਅਤੇ ਇੱਕ ਅਣਪਛਾਤੀ ਔਰਤ ਵਿਰੁੱਧ ਧਾਰਾ 61, 1, 14 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਗਵਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਸੰਧੂ ਕਾਲਜ ਕੌਲੀ ਮੌਜੂਦ ਸੀ, ਜੋ ਐਕਸਾਇਜ ਇੰਸਪੈਕਟਰ ਸਿਟੀ-1 ਗੋਪਾਲ ਸ਼ਰਮਾ ਨੇ ਇਤਲਾਹ ਦਿੱਤੀ ਕਿ ਪਿੰਡ ਸ਼ੰਕਰਪੁਰ ਵਿਖੇ ਦੋਸ਼ੀ ਹਰਜਿੰਦਰ ਸਿੰਘ ਦੇ ਘਰ ਵਿੱਚੋ ਲਾਹਣ ਅਤੇ ਨਾਜਾਇਜ਼ ਸ਼ਰਾਬ ਬ੍ਰਾਮਦ ਹੋਈ ਹੈ, ਜੋ ਮੌਕਾ ਪਰ ਹਰਜਿੰਦਰ ਸਿੰਘ ਨੂੰ ਕਾਬੂ ਕਰ ਲਿਆ ਗਿਆ ਅਤੇ ਇੱਕ ਨਾ-ਮਾਲੂਮ ਔਰਤ ਮੌਕੇ ਤੋਂ ਫਰਾਰ ਹੋ ਗਈ। ਇਸੇ ਤਰ੍ਹਾਂ ਥਾਣਾ ਘੱਗਾ ਪੁਲਿਸ ਨੇ ਕਥਿਤ ਦੋਸ਼ੀ ਅੰਮ੍ਰਿਤਪਾਲ ਸਿੰਘ ਵਾਸੀ ਪਿੰਡ ਕਲਵਾਨੂੰ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਬਲਵੀਰ ਸਿੰਘ ਸਮੇਤ ਪੁਲਿਸ ਪਾਰਟੀ ਕਲਵਾਨੂੰ ਸੂਆ ਪੁਲੀ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 12 ਬੋਤਲਾਂ ਸ਼ਰਾਬ ਠੇਕਾ ਦੇਸੀ ਪੰਜਾਬ ਦੀਆ ਬ੍ਰਾਮਦ ਹੋਈਆਂ।

## 50 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ

ਪਟਿਆਲਾ, 24 ਮਈ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਸੁਰਿੰਦਰਪਾਲ ਵਾਸੀ ਬਾਬਾ ਜੀਵਨ ਸਿੰਘ ਬਸਤੀ ਪਾਸੀ ਰੋਡ ਪਟਿਆਲਾ ਵਿਰੁੱਧ ਧਾਰਾ 21,22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਜਨਕ ਰਾਜ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਮਾਡਲ ਟਾਊਨ ਪਟਿਆਲਾ ਕੋਲ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈਕ ਕਰਨ ਪਰ 50 ਗ੍ਰਾਮ ਨਸ਼ੀਲਾ ਪਦਾਰਥ/ਪਾਊਡਰ ਬ੍ਰਾਮਦ ਹੋਇਆ। ਰ ਕੌਰ, ਬੀ.ਈ.ਈ ਸ਼ਾਯਾਨ ਜ਼ਫਰ, ਐਲ.ਐਚ.ਵੀ ਅਨੀਤਾ ਰਾਣੀ, ਏ.ਐਨ.ਐਮ ਰਣਧੀਰ ਕੌਰ, ਬਿੱਟੂ ਕਮਾਰ ਅਤੇ ਆਸ਼ਾ ਵਰਕਰ ਹਾਜ਼ਰ ਸਨ।

## ਪੋਟਾਸ਼ ਨਾਲ ਭਰਿਆ ਟਰੱਕ-ਟਰਾਲਾ ਪਲਟਿਆ, 6 ਘੰਟੇ ਸੜਕ ਜਾਮ

ਸਮਾਣਾ, 24 ਮਈ (ਵਿਜੇ ਕੁਮਾਰ) : ਬੀਤੀ ਰਾਤ ਬਠਿੰਡਾ ਤੋਂ ਪੋਟਾਸਤ ਭਰ ਕੇ ਮੁਜ਼ਫਰਨਗਰ (ਉਤਰ ਪ੍ਰਦੇਸ਼) ਜਾ ਰਿਹਾ ਟਰੱਕ-ਟਰਾਲਾ ਸ਼ਹਿਰ 'ਚੋ ਲੰਘਦੇ ਹੋਏ ਭਵਾਨੀਗੜ੍ਹ ਰੋਡ ਤੇ ਪਲਟ ਗਿਆ ਜਿਸ ਨਾਲ ਪੋਟਾਸ਼ ਸੜਕ ਤੇ ਖਿਲਰ ਗਈ ਅਤੇ ਕਰੀਬ 6 ਘੰਟੇ ਤੱਕ ਸੜਕ ਤੇ ਜਾਮ ਰਿਹਾ ਅਤੇ ਵਾਹਨਾਂ ਦੀਆਂ ਲੰਮੀਆਂ ਲਾਇਨਾਂ ਲੱਗ ਗਈਆਂ। ਸੂਚਨਾ ਮਿਲਣ 'ਤੇ ਪੰਹੁਚੀ ਸਿਟੀ ਪੁਲਸ ਦੀ ਟੀਮ ਨੇ ਲੋਕਾਂ ਨੂੰ ਟਰੱਕ-ਟਰਾਲਾ ਅਤੇ ਸੜਕ 'ਤੇ ਖਿਲਰੀ ਪੋਟਾਸ਼ ਤੋਂ ਦੂਰ ਰੱਖਿਆ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਸ ਦੇ ਏ.ਐਸ.ਆਈ. ਪੂਰਨ ਸਿੰਘ ਨੇ ਦੱਸਿਆ ਕਿ ਚਾਲਕ ਦੇ ਅਨੁਸਾਰ ਉਹ ਬਠਿੰਡਾ ਰਿਫਾਇਨਰੀ ਤੋਂ ਪੋਟਾਸ਼ ਭਰ ਕੇ ਮੁਜਫਰ ਨਗਰ ਜਾ ਰਿਹਾ ਸੀ ਕਿ ਰਾਤ 3 ਵਜੇ ਸ਼ਹਿਰ ਦੀ ਸੜਕ 'ਤੇ ਅਚਾਨਕ ਕਿਸੇ ਲਾਵਾਰਸ ਪਸ਼ੂ ਦਾ ਅੱਗੇ ਆ ਜਾਣ ਕਾਰਨ ਉਹ ਸੰਤੁਲਨ ਗੁਆ ਬੈਠਾ ਅਤੇ ਸੜਕ ਦੇ ਵਿਚ ਬਣੇ ਡਵਾਇਡਰ ਨਾਲ ਟਕਰਾਉਣ ਤੇ ਟਰਾਲਾ ਪਲਟ ਗਿਆ। ਅਧਿਕਾਰੀ ਅਨੁਸਾਰ ਰਾਹਗਿਰਾ ਵੱਲੋਂ ਪੋਟਾਸ਼ ਦੇ ਖਿਲਰਣ ਨਾਲ ਅੱਖਾਂ 'ਚ ਜਲਨ ਦੀ ਸ਼ਿਕਾਇਤ ਕਰਨ ਅਤੇ ਦਹਿਸ਼ਤ ਦਾ ਮਹੌਲ ਬਨਣ ਤੇ ਫਾਇਰ ਬ੍ਰਿਗੇਡ ਦਸਤੇ ਨੂੰ ਉਥੇ ਤੈਨਾਤ ਕੀਤਾ ਗਿਆ। ਇਸ ਦੌਰਾਨ ਹਾਜਰ ਲੋਕਾਂ ਨੇ ਇਸ ਸੜਕ ਤੇ ਬਣਾਏ ਗਏ ਗਲਤ ਢੰਗ ਦੇ ਡਵਾਇਡਰਾਂ ਨੂੰ ਹੀ ਹਾਦਸੇ ਦਾ ਕਾਰਨ ਦੱਸਦਿਆਂ ਇਸ ਨੂੰ ਸਹੀ ਕੀਤੇ ਜਾਣ ਦੀ ਮੰਗ ਕੀਤੀ।